ਗੁਰੂ ਨਾਨਕ ਬਾਣੀ
ਸੰਪੂਰਨ ਪਾਠ
ਜਸਬੀਰ ਵਾਟਾਂਵਾਲੀਆਂ

ਗੁਰੂ ਨਾਨਕ ਬਾਣੀ ਸਪੂੰਰਨ ਪਾਠ, ਇਕੋ ਟੈਕਸਟ ਪੀ. ਡੀ. ਐਫ.

ਇਸ ਪੀ. ਡੀ. ਐਫ. ਵਿੱਚ ਤੁਸੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੰਪੂਰਨ ਬਾਣੀ ਨੂੰ ਇੱਕੋ ਥਾਂ 'ਤੇ ਪੜ੍ਹ ਸਕੋਗੇ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਨੂੰ ਇਸ ਤਰ੍ਹਾਂ, ਇੱਕ ਥਾਂ 'ਤੇ ਇਕੱਤਰ ਕਰਨ ਦਾ ਮਕਸਦ ਇਹ ਸੀ ਕਿ ਖੋਜ ਪੜਤਾਲ ਕਰਨ ਵਾਲੇ ਵਿਦਿਆਰਥੀਆਂ ਅਤੇ ਵਿਦਵਾਨਾਂ ਲਈ ਗੁਰੂ ਸਾਹਿਬਾਨਾਂ ਦੀ ਬਾਣੀ ਇੱਕੋ ਥਾਂ 'ਤੇ ਹਾਸਲ ਹੋ ਸਕੇ ਤਾਂ ਕਿ ਖੋਜ ਕਾਰਜਾਂ ਵਿਚ ਆਸਾਨੀ ਹੋਵੇ।

ਮੇਰਾ ਵਿਸ਼ਵਾਸ ਹੈ ਕਿ ਇਸ ਨਾਲ ਗੁਰਬਾਣੀ ਦੇ ਵਿਚਾਰਧਾਰਕ ਅਧਿਐਨ ਅਤੇ ਕਾਵਿ ਰੂਪੀ ਵੰਨਗੀਆਂ ਦਾ ਅਧਿਐਨ ਕਰਨ ਵਿਚ ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਕਾਫੀ ਸਹਾਇਤਾ ਮਿਲੇਗੀ। ਦਾਸ ਦੀ ਕੋਸ਼ਿਸ਼ ਰਹੇਗੀ ਕਿ ਆਉਣ ਵਾਲੇ ਸਮੇਂ ਵਿੱਚ ਸਾਰੇ ਗੁਰੂ ਸਾਹਿਬਾਨਾਂ ਦੀ ਬਾਣੀ ਨੂੰ ਵੱਖਰਾ-ਵੱਖਰਾ ਕਰਕੇ ਇਸੇ ਤਰ੍ਹਾਂ ਆਪ ਜੀ ਦੇ ਸਨਮੁਖ ਪੇਸ਼ ਕੀਤਾ ਜਾਵੇ।

ਇਹ ਪਵਿੱਤਰ ਕਾਰਜ ਕਰਦਿਆਂ ਕੋਈ ਭੁੱਲ-ਚੁੱਕ ਹੋ ਗਈ ਹੋਵੇ ਤਾਂ ਖਿਮਾ ਦਾ ਜਾਚਕ ਹਾਂ ਅਤੇ ਸੰਗਤ ਬਖਸ਼ਣ ਯੋਗ ਹੈ। ਇਸ ਸਬੰਧੀ ਜੇਕਰ ਆਪ ਜੀ ਦਾ ਕੋਈ ਸੁਝਾਅ ਹੋਵੇ ਤਾਂ ਕੁਮੈਂਟ ਬਾਕਸ ਵਿੱਚ ਆਪ ਜੀ ਆਪਣੇ ਵਿਚਾਰ ਸਾਂਝੇ ਕਰ ਸਕਦੇ ਹੋ।

ਸਭ ਦਾ ਧੰਨਵਾਦ

ਜਸਬੀਰ ਵਾਟਾਂਵਾਲੀਆ

ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੰਪੂਰਨ ਬਾਣੀ, ਰਾਗਾਂ ਅਤੇ ਕਾਵਿ ਰੂਪਾਂ ਦਾ ਵੇਰਵਾ-

੧. ਜਪੁ

2. ਰਹਿਰਾਸ ਸਾਹਬਿ

੩. ਸੋ ਦਰੁ ਰਾਗੁ ਆਸਾ ਮਹਲਾ ੧

੪. ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧

੫. ਸਿਰੀਰਾਗੁ ਮਹਲਾ ਪਹਿਲਾ ੧

੬. ਸਿਰੀਰਾਗੁ ਮਹਲਾ ੧

੭. ਸਿਰੀਰਾਗੁ ਮਹਲਾ ੧ ਪਹਰੇ

੮. ਸਿਰੀਰਾਗ ਕੀ ਵਾਰ ਮਹਲਾ ੪ ਸਲੋਕਾ ਨਾਲਿ

੯. ਰਾਗੁ ਮਾਝ ਅਸਟਪਦੀਆ ਮਹਲਾ ੧

੧੦. ਵਾਰ ਮਾਝ ਕੀ ਤਥਾ ਸਲੋਕ ਮਹਲਾ ੧

੧੧. ਰਾਗੁ ਗਉੜੀ ਗੁਆਰੇਰੀ ਮਹਲਾ ੧

੧੨. ਗਉੜੀ ਪੂਰਬੀ ਦੀਪਕੀ ਮਹਲਾ ੧

੧੩. ਰਾਗੁ ਗਉੜੀ ਅਸਟਪਦੀਆ ਮਹਲਾ ੧ ਗਉੜੀ ਗੁਆਰੇਰੀ

੧੪. ਗਉੜੀ ਬੈਰਾਗਣਿ ਮਹਲਾ ੧

੧੫. ਰਾਗੁ ਗਉੜੀ ਪੂਰਬੀ ਛੰਤ ਮਹਲਾ ੧

੧੬. ਰਾਗੁ ਆਸਾ ਮਹਲਾ ੧ ਘਰੁ ੧ ਸੋ ਦਰੁ

੧੭. ਰਾਗੁ ਆਸਾ ਮਹਲਾ ੧

੧੮. ਰਾਗੁ ਆਸਾ ਮਹਲਾ ੧ ਅਸਟਪਦੀਆ

੧੯. ਰਾਗੁ ਆਸਾ ਮਹਲਾ ੧ ਪਟੀ ਲਿਖੀ

੨੦. ਰਾਗੁ ਆਸਾ ਮਹਲਾ ੧ ਛੰਤ

੨੧. ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ

੨੨. ਰਾਗੁ ਗੂਜਰੀ ਮਹਲਾ ੧

੨੩. ਗੂਜਰੀ ਅਸਟਪਦੀਆ ਮਹਲਾ ੧

੨੪. ਰਾਗੁ ਵਡਹੰਸੁ ਮਹਲਾ ੧

੨੫. ਵਡਹੰਸੁ ਮਹਲਾ ੧ ਛੰਤ

੨੬. ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ

੨੭. ਵਡਹੰਸ ਕੀ ਵਾਰ ਮਹਲਾ ੪ ਲਲਾਂ ਬਹਲੀਮਾ ਕੀ ਧੁਨਿ

੨੮. ਸੋਰਠਿ ਮਹਲਾ ੧

੨੯. ਸੋਰਠਿ ਮਹਲਾ ੧... ਅਸਟਪਦੀਆ

੩੦. ਰਾਗੁ ਸੋਰਠਿ ਵਾਰ

੩੧. ਧਨਾਸਰੀ ਮਹਲਾ ੧

੩੨. ਧਨਾਸਰੀ ਮਹਲਾ ੧ ......ਅਸਟਪਦੀਆ

੩੩. ਧਨਾਸਰੀ ਮਹਲਾ ੧ ਛੰਤ

੩੪. ਰਾਗੁ ਤਿਲੰਗ ਮਹਲਾ ੧

੩੫. ਰਾਗੁ ਸੂਹੀ ਮਹਲਾ ੧

੩੬. ਰਾਗੁ ਸੂਹੀ ਅਸਟਪਦੀਆ

੩੭. ਰਾਗੁ ਸੂਹੀ ਅਸਟਪਦੀਆ

੩੮. ਰਾਗੁ ਸੂਹੀ ਛੰਤ ਮਹਲਾ ੧

੩੯. ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩

੪੦. ਰਾਗੁ ਬਿਲਾਵਲੁ ਮਹਲਾ ੧

੪੧. ਬਿਲਾਵਲੁ ਅਸਟਪਦੀਆ ਮਹਲਾ ੧

੪੨. ਬਿਲਾਵਲੁ ਮਹਲਾ ੧ ਥਿਤੀ

੪੩. ਬਿਲਾਵਲੁ ਮਹਲਾ ੧ ਛੰਤ ਦਖਣੀ

੪੪. ਬਿਲਾਵਲੁ ਕੀ ਵਾਰ ਮਹਲਾ ੪

੪੫. ਰਾਮਕਲੀ ਮਹਲਾ ੧

੪੬. ਰਾਮਕਲੀ ਮਹਲਾ ੧ ਅਸਟਪਦੀਆ

੪੭. ਰਾਮਕਲੀ ਮਹਲਾ ੧ ਦਖਣੀ ਓਅੰਕਾਰੁ

੪੮. ਰਾਮਕਲੀ ਮਹਲਾ ੧ ਸਿਧ ਗੋਸਟਿ

੪੯. ਰਾਮਕਲੀ ਕੀ ਵਾਰ ਮਹਲਾ ੩ ॥ ਜੋਧੈ ਵੀਰੈ ਪੂਰਬਾਣੀ ਕੀ ਧੁਨੀ

੫੦. ਰਾਗੁ ਮਾਰੂ ਮਹਲਾ ੧

੫੧. ਮਾਰੂ ਅਸਟਪਦੀਆ ਮਹਲਾ ੧

੫੨. ਮਾਰੂ ਕਾਫੀ ਮਹਲਾ ੧

੫੩. ਮਾਰੂ ਸੋਲਹੇ ਮਹਲਾ ੧

੫੪. ਮਾਰੂ ਵਾਰ ਮਹਲਾ ੩

੫੫. ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ

੫੬. ਰਾਗੁ ਭੈਰਉ ਮਹਲਾ ੧

੫੭. ਭੈਰਉ ਅਸਟਪਦੀਆ ਮਹਲਾ ੧

੫੮. ਰਾਗੁ ਬਸੰਤੁ ਮਹਲਾ

੫੯. ਮਹਲਾ ੧ ਬਸੰਤੁ ਹਿੰਡੋਲ

੬੦. ਬਸੰਤੁ ਮਹਲਾ ੧ ਅਸਟਪਦੀਆ

੬੧. ਰਾਗੁ ਸਾਰਗ ਚਉਪਦੇ ਮਹਲਾ ੧

੬੨. ਰਾਗੁ ਸਾਰਗ ਅਸਟਪਦੀਆ ਮਹਲਾ ੧

੬੩. ਸਾਰੰਗ ਕੀ ਵਾਰ ਮਹਲਾ ੪

੬੪. ਰਾਗੁ ਮਲਾਰ ਚਉਪਦੇ ਮਹਲਾ ੧

੬੫. ਮਲਾਰ ਮਹਲਾ ੧ ਅਸਟਪਦੀਆ

੬੬. ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ

੬੭. ਰਾਗੁ ਪਰਭਾਤੀ ਬਿਭਾਸ ਮਹਲਾ ੧

੬੮. ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ

੬੯. ਸਲੋਕ ਸਹਸਕ੍ਰਿਤੀ ਮਹਲਾ ੧

੭੦. ਸਲੋਕ ਵਾਰਾਂ ਤੇ ਵਧੀਕ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

॥ ਜਪੁ ॥

ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥

ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ ॥ ਚੁਪੈ ਚੁਪ ਨ ਹੋਵਈ ਜੇ ਲਾਇ ਰਹਾ ਲਿਵ ਤਾਰ ॥ ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ ॥ ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ ॥ ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ ॥ ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ ਹੁਕਮੀ ਹੋਵਨਿ ਆਕਾਰ ਹੁਕਮੁ ਨ ਕਹਿਆ ਜਾਈ ॥ ਹੁਕਮੀ ਹੋਵਨਿ ਜੀਅ ਹੁਕਮਿ ਮਿਲੈ ਵਡਿਆਈ ॥ ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ ਪਾਈਅਹਿ ॥ ਇਕਨਾ ਹੁਕਮੀ ਬਖਸੀਸ ਇਕਿ ਹੁਕਮੀ ਸਦਾ ਭਵਾਈਅਹਿ ॥ ਹੁਕਮੈ ਅੰਦਰਿ ਸਭੁ ਕੋ ਬਾਹਰਿ ਹੁਕਮ ਨ ਕੋਇ ॥ ਨਾਨਕ ਹੁਕਮੈ ਜੇ ਬੁਝੈ ਤ ਹਉਮੈ ਕਹੈ ਨ ਕੋਇ ॥੨॥ ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ ॥ ਗਾਵੈ ਕੋ ਦਾਤਿ ਜਾਣੈ ਨੀਸਾਣੁ ॥ ਗਾਵੈ ਕੋ ਗੁਣ ਵਡਿਆਈਆ ਚਾਰ ॥ ਗਾਵੈ ਕੋ ਵਿਦਿਆ ਵਿਖਮੁ ਵੀਚਾਰੁ ॥ ਗਾਵੈ ਕੋ ਸਾਜਿ ਕਰੇ ਤਨੁ ਖੇਹ ॥ ਗਾਵੈ ਕੋ ਜੀਅ ਲੈ ਫਿਰਿ ਦੇਹ ॥ ਗਾਵੈ ਕੋ ਜਾਪੈ ਦਿਸੈ ਦੂਰਿ ॥ ਗਾਵੈ ਕੋ ਵੇਖੈ ਹਾਦਰਾ ਹਦੂਰਿ ॥ ਕਥਨਾ ਕਥੀ ਨ ਆਵੈ ਤੋਟਿ॥ ਕਥਿ ਕਥਿ ਕਥੀ ਕੋਟੀ ਕੋਟਿ ਕੋਟਿ ॥ ਦੇਦਾ ਦੇ ਲੈਦੇ ਥਕਿ ਪਾਹਿ ॥ ਜੁਗਾ ਜੁਗੰਤਰਿ ਖਾਹੀ ਖਾਹਿ ॥ ਹੁਕਮੀ ਹੁਕਮੁ ਚਲਾਏ ਰਾਹੁ ॥ ਨਾਨਕ ਵਿਗਸੈ ਵੇਪਰਵਾਹੁ ॥੩॥ ਸਾਚਾ ਸਾਹਿਬੁ ਸਾਚੁ ਨਾਇ ਭਾਖਿਆ ਭਾਉ ਅਪਾਰੁ ॥ ਆਖਹਿ ਮੰਗਹਿ ਦੇਹਿ ਦੇਹਿ ਦਾਤਿ ਕਰੇ ਦਾਤਾਰੁ ॥ ਫੇਰਿ ਕਿ ਅਗੈ ਰਖੀਐ ਜਿਤੁ ਦਿਸੈ ਦਰਬਾਰੁ ॥ ਮੁਹੌ ਕਿ ਬੋਲਣੁ ਬੋਲੀਐ ਜਿਤੁ

ਸੁਣਿ ਧਰੇ ਪਿਆਰੁ ॥ ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ ॥ ਕਰਮੀ ਆਵੈ ਕਪੜਾ ਨਦਰੀ ਮੋਖੁ ਦੁਆਰੁ ॥ ਨਾਨਕ ਏਵੈ ਜਾਣੀਐ ਸਭੁ ਆਪੇ ਸਚਿਆਰੁ ॥੪॥ ਥਾਪਿਆ ਨ ਜਾਇ ਕੀਤਾ ਨ ਹੋਇ ॥ ਆਪੇ ਆਪਿ ਨਿਰੰਜਨੁ ਸੋਇ ॥ ਜਿਨਿ ਸੇਵਿਆ ਤਿਨਿ ਪਾਇਆ ਮਾਨੁ ॥ ਨਾਨਕ ਗਾਵੀਐ ਗੁਣੀ ਨਿਧਾਨੁ ॥ ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ ਗੁਰਮੁਖਿ ਨਾਦੰ ਗੁਰਮੁਖਿ ਵੇਦੰ ਗੁਰਮੁਖਿ ਰਹਿਆ ਸਮਾਈ ॥ ਗੁਰੁ ਈਸਰੁ ਗੁਰੁ ਗੋਰਖੁ ਬਰਮਾ ਗੁਰੁ ਪਾਰਬਤੀ ਮਾਈ ॥ ਜੇ ਹਉ ਜਾਣਾ ਆਖਾ ਨਾਹੀ ਕਹਣਾ ਕਥਨੁ ਨ ਜਾਈ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੫॥ ਤੀਰਥਿ ਨਾਵਾ ਜੇ ਤਿਸੁ ਭਾਵਾ ਵਿਣੁ ਭਾਣੇ ਕਿ ਨਾਇ ਕਰੀ ॥ ਜੇਤੀ ਸਿਰਠਿ ਉਪਾਈ ਵੇਖਾ ਵਿਣੁ ਕਰਮਾ ਕਿ ਮਿਲੈ ਲਈ ॥ ਮਤਿ ਵਿਚਿ ਰਤਨ ਜਵਾਹਰ ਮਾਣਿਕ ਜੇ ਇਕ ਗੁਰ ਕੀ ਸਿਖ ਸੁਣੀ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੬॥ ਜੇ ਜੁਗ ਚਾਰੇ ਆਰਜਾ ਹੋਰ ਦਸੂਣੀ ਹੋਇ ॥ ਨਵਾ ਖੰਡਾ ਵਿਚਿ ਜਾਣੀਐ ਨਾਲਿ ਚਲੈ ਸਭੁ ਕੋਇ ॥ ਚੰਗਾ ਨਾਉ ਰਖਾਇ ਕੈ ਜਸੁ ਕੀਰਤਿ ਜਗਿ ਲੇਇ ॥ ਜੇ ਤਿਸੁ ਨਦਰਿ ਨ ਆਵਈ ਤ ਵਾਤ ਨ ਪੁਛੈ ਕੇ ॥ ਕੀਟਾ ਅੰਦਰਿ ਕੀਟੁ ਕਰਿ ਦੋਸੀ ਦੋਸੁ ਧਰੇ ॥ ਨਾਨਕ ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣੁ ਦੇ ॥ ਤੇਹਾ ਕੋਇ ਨ ਸੁਝਈ ਜਿ ਤਿਸੁ ਗੁਣੁ ਕੋਇ ਕਰੇ ॥੭॥ ਸੁਣਿਐ ਸਿਧ ਪੀਰ ਸੁਰਿ ਨਾਥ ॥ ਸੁਣਿਐ ਧਰਤਿ ਧਵਲ ਆਕਾਸ ॥ ਸੁਣਿਐ ਦੀਪ ਲੋਅ ਪਾਤਾਲ ॥ ਸੁਣਿਐ ਪੋਹਿ ਨ ਸਕੈ ਕਾਲੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੮॥ ਸੁਣਿਐ ਈਸਰੁ ਬਰਮਾ ਇੰਦੁ ॥ ਸੁਣਿਐ ਮੁਖਿ ਸਾਲਾਹਣ ਮੰਦੁ ॥ ਸੁਣਿਐ ਜੋਗ ਜੁਗਤਿ ਤਨਿ ਭੇਦ ॥ ਸੁਣਿਐ ਸਾਸਤ ਸਿਮ੍ਰਿਤਿ ਵੇਦ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੯॥ ਸੁਣਿਐ ਸਤੁ ਸੰਤੋਖੁ ਗਿਆਨੁ ॥ ਸੁਣਿਐ ਅਠਸਠਿ ਕਾ ਇਸਨਾਨੁ ॥ ਸੁਣਿਐ ਪੜਿ ਪੜਿ ਪਾਵਹਿ ਮਾਨੁ ॥ ਸੁਣਿਐ ਲਾਗੈ ਸਹਜਿ ਧਿਆਨੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੧੦॥ ਸੁਣਿਐ ਸਰਾ ਗੁਣਾ ਕੇ ਗਾਹ ॥ ਸੁਣਿਐ ਸੇਖ ਪੀਰ ਪਾਤਿਸਾਹ ॥ ਸੁਣਿਐ ਅੰਧੇ ਪਾਵਹਿ ਰਾਹੁ ॥ ਸੁਣਿਐ ਹਾਥ ਹੋਵੈ ਅਸਗਾਹੁ ॥ ਨਾਨਕ ਭਗਤਾ ਸਦਾ ਵਿਗਾਸੁ ॥

ਸੁਣਿਐ ਦੂਖ ਪਾਪ ਕਾ ਨਾਸੁ ॥੧੧॥ ਮੰਨੇ ਕੀ ਗਤਿ ਕਹੀ ਨ ਜਾਇ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਕਾਗਦਿ ਕਲਮ ਨ ਲਿਖਣਹਾਰੁ ॥ ਮੰਨੇ ਕਾ ਬਹਿ ਕਰਨਿ ਵੀਚਾਰੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੨॥ ਮੰਨੈ ਸੁਰਤਿ ਹੋਵੈ ਮਨਿ ਬੁਧਿ ॥ ਮੰਨੈ ਸਗਲ ਭਵਣ ਕੀ ਸੁਧਿ ॥ ਮੰਨੈ ਮੁਹਿ ਚੋਟਾ ਨਾ ਖਾਇ ॥ ਮੰਨੈ ਜਮ ਕੈ ਸਾਥਿ ਨ ਜਾਇ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੩॥ ਮੰਨੈ ਮਾਰਗਿ ਠਾਕ ਨ ਪਾਇ ॥ ਮੰਨੈ ਪਤਿ ਸਿਉ ਪਰਗਟੁ ਜਾਇ ॥ ਮੰਨੈ ਮਗੁ ਨ ਚਲੈ ਪੰਥੁ ॥ ਮੰਨੈ ਧਰਮ ਸੇਤੀ ਸਨਬੰਧੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥ ੧੪॥ ਮੰਨੈ ਪਾਵਹਿ ਮੋਖੁ ਦੁਆਰੁ ॥ ਮੰਨੈ ਪਰਵਾਰੈ ਸਾਧਾਰੁ ॥ ਮੰਨੈ ਤਰੈ ਤਾਰੇ ਗੁਰੁ ਸਿਖ ॥ ਮੰਨੈ ਨਾਨਕ ਭਵਹਿ ਨ ਭਿਖ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੫॥ ਪੰਚ ਪਰਵਾਣ ਪੰਚ ਪਰਧਾਨੁ ॥ ਪੰਚੇ ਪਾਵਹਿ ਦਰਗਹਿ ਮਾਨੁ ॥ ਪੰਚੇ ਸੋਹਹਿ ਦਰਿ ਰਾਜਾਨੁ ॥ ਪੰਚਾ ਕਾ ਗੁਰੁ ਏਕੁ ਧਿਆਨੁ ॥ ਜੇ ਕੋ ਕਹੈ ਕਰੈ ਵੀਚਾਰੁ ॥ ਕਰਤੇ ਕੈ ਕਰਣੈ ਨਾਹੀ ਸੁਮਾਰੁ ॥ ਧੌਲੁ ਧਰਮੁ ਦਇਆ ਕਾ ਪੂਤੁ ॥ ਸੰਤੋਖੁ ਥਾਪਿ ਰਖਿਆ ਜਿਨਿ ਸੂਤਿ ॥ ਜੇ ਕੋ ਬੁਝੈ ਹੋਵੈ ਸਚਿਆਰੁ ॥ ਧਵਲੈ ਉਪਰਿ ਕੇਤਾ ਭਾਰੁ ॥ ਧਰਤੀ ਹੋਰੁ ਪਰੈ ਹੋਰੁ ਹੋਰੁ ॥ ਤਿਸ ਤੇ ਭਾਰੁ ਤਲੈ ਕਵਣੁ ਜੋਰੁ ॥ ਜੀਅ ਜਾਤਿ ਰੰਗਾ ਕੇ ਨਾਵ ॥ ਸਭਨਾ ਲਿਖਿਆ ਵੁੜੀ ਕਲਾਮ ॥ ਏਹੁ ਲੇਖਾ ਲਿਖਿ ਜਾਣੈ ਕੋਇ ॥ ਲੇਖਾ ਲਿਖਿਆ ਕੇਤਾ ਹੋਇ ॥ ਕੇਤਾ ਤਾਣੁ ਸੁਆਲਿਹੁ ਰੂਪੁ ॥ ਕੇਤੀ ਦਾਤਿ ਜਾਣੈ ਕੌਣੁ ਕੂਤੁ ॥ ਕੀਤਾ ਪਸਾਉ ਏਕੋ ਕਵਾਉ ॥ ਤਿਸ ਤੇ ਹੋਏ ਲਖ ਦਰੀਆਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੬॥ ਅਸੰਖ ਜਪ ਅਸੰਖ ਭਾਉ ॥ ਅਸੰਖ ਪੂਜਾ ਅਸੰਖ ਤਪ ਤਾਉ ॥ ਅਸੰਖ ਗਰੰਥ ਮੁਖਿ ਵੇਦ ਪਾਠ ॥ ਅਸੰਖ ਜੋਗ ਮਨਿ ਰਹਹਿ ਉਦਾਸ ॥ ਅਸੰਖ ਭਗਤ ਗੁਣ ਗਿਆਨ ਵੀਚਾਰ ॥ ਅਸੰਖ ਸਤੀ ਅਸੰਖ ਦਾਤਾਰ ॥ ਅਸੰਖ ਸੂਰ ਮੁਹ ਭਖ ਸਾਰ ॥ ਅਸੰਖ ਮੋਨਿ ਲਿਵ ਲਾਇ ਤਾਰ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੭॥ ਅਸੰਖ ਮੂਰਖ ਅੰਧ ਘੋਰ ॥ ਅਸੰਖ ਚੋਰ ਹਰਾਮਖੋਰ ॥ ਅਸੰਖ

ਅਮਰ ਕਰਿ ਜਾਹਿ ਜੋਰ ॥ ਅਸੰਖ ਗਲਵਢ ਹਤਿਆ ਕਮਾਹਿ ॥ ਅਸੰਖ ਪਾਪੀ ਪਾਪੁ ਕਰਿ ਜਾਹਿ ॥ ਅਸੰਖ ਕੂੜਿਆਰ ਕੂੜੇ ਫਿਰਾਹਿ ॥ ਅਸੰਖ ਮਲੇਛ ਮਲੁ ਭਖਿ ਖਾਹਿ ॥ ਅਸੰਖ ਨਿੰਦਕ ਸਿਰਿ ਕਰਹਿ ਭਾਰੁ ॥ ਨਾਨਕੁ ਨੀਚੁ ਕਹੈ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥ ੧੮॥ ਅਸੰਖ ਨਾਵ ਅਸੰਖ ਥਾਵ ॥ ਅਗੰਮ ਅਗੰਮ ਅਸੰਖ ਲੋਅ ॥ ਅਸੰਖ ਕਹਹਿ ਸਿਰਿ ਭਾਰੁ ਹੋਇ ॥ ਅਖਰੀ ਨਾਮੁ ਅਖਰੀ ਸਾਲਾਹ ॥ ਅਖਰੀ ਗਿਆਨੁ ਗੀਤ ਗੁਣ ਗਾਹ ॥ ਅਖਰੀ ਲਿਖਣੁ ਬੋਲਣੁ ਬਾਣਿ ॥ ਅਖਰਾ ਸਿਰਿ ਸੰਜੋਗੁ ਵਖਾਣਿ ॥ ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ ਫੁਰਮਾਏ ਤਿਵ ਤਿਵ ਪਾਹਿ ॥ ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੯॥ ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ ਧੋਤੈ ਉਤਰਸੁ ਖੇਹ ॥ ਮੂਤ ਪਲੀਤੀ ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ ਧੋਇ ॥ ਭਰੀਐ ਮਤਿ ਪਾਪਾ ਕੈ ਸੰਗਿ ॥ ਓਹੁ ਧੋਪੈ ਨਾਵੈ ਕੈ ਰੰਗਿ ॥ ਪੁੰਨੀ ਪਾਪੀ ਆਖਣੁ ਨਾਹਿ ॥ ਕਰਿ ਕਰਿ ਕਰਣਾ ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ ਹੀ ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ ॥੨੦॥ ਤੀਰਥੁ ਤਪੁ ਦਇਆ ਦਤੁ ਦਾਨੁ ॥ ਜੇ ਕੋ ਪਾਵੈ ਤਿਲ ਕਾ ਮਾਨੁ ॥ ਸੁਣਿਆ ਮੰਨਿਆ ਮਨਿ ਕੀਤਾ ਭਾਉ ॥ ਅੰਤਰਗਤਿ ਤੀਰਥਿ ਮਲਿ ਨਾਉ ॥ ਸਭਿ ਗੁਣ ਤੇਰੇ ਮੈ ਨਾਹੀ ਕੋਇ ॥ ਵਿਣੁ ਗੁਣ ਕੀਤੇ ਭਗਤਿ ਨ ਹੋਇ ॥ ਸੁਅਸਤਿ ਆਥਿ ਬਾਣੀ ਬਰਮਾਉ ॥ ਸਤਿ ਸੁਹਾਣੁ ਸਦਾ ਮਨਿ ਚਾਉ ॥ ਕਵਣੁ ਸੁ ਵੇਲਾ ਵਖਤੁ ਕਵਣੁ ਕਵਣ ਥਿਤਿ ਕਵਣੁ ਵਾਰੁ ॥ ਕਵਣਿ ਸਿ ਰੁਤੀ ਮਾਹੁ ਕਵਣੁ ਜਿਤੁ ਹੋਆ ਆਕਾਰੁ ॥ ਵੇਲ ਨ ਪਾਈਆ ਪੰਡਤੀ ਜਿ ਹੋਵੈ ਲੇਖੁ ਪੁਰਾਣੁ ॥ ਵਖਤੁ ਨ ਪਾਇਓ ਕਾਦੀਆ ਜਿ ਲਿਖਨਿ ਲੇਖੁ ਕੁਰਾਣੁ ॥ ਥਿਤਿ ਵਾਰੁ ਨਾ ਜੋਗੀ ਜਾਣੈ ਰੁਤਿ ਮਾਹੁ ਨਾ ਕੋਈ ॥ ਜਾ ਕਰਤਾ ਸਿਰਠੀ ਕਉ ਸਾਜੇ ਆਪੇ ਜਾਣੈ ਸੋਈ ॥ ਕਿਵ ਕਰਿ ਆਖਾ ਕਿਵ ਸਾਲਾਹੀ ਕਿਉ ਵਰਨੀ ਕਿਵ ਜਾਣਾ ॥ ਨਾਨਕ ਆਖਣਿ ਸਭੁ ਕੋ ਆਖੈ ਇਕ ਦੂ ਇਕੁ ਸਿਆਣਾ ॥ ਵਡਾ ਸਾਹਿਬੁ ਵਡੀ ਨਾਈ ਕੀਤਾ ਜਾ ਕਾ ਹੋਵੈ ॥ ਨਾਨਕ ਜੇ ਕੋ ਆਪੌ ਜਾਣੈ ਅਗੈ ਗਇਆ ਨ ਸੋਹੈ ॥੨੧॥ ਪਾਤਾਲਾ ਪਾਤਾਲ ਲਖ ਆਗਾਸਾ ਆਗਾਸ ॥ ਓੜਕ ਓੜਕ

ਭਾਲਿ ਥਕੇ ਵੇਦ ਕਹਨਿ ਇਕ ਵਾਤ ॥ ਸਹਸ ਅਠਾਰਹ ਕਹਨਿ ਕਤੇਬਾ ਅਸੁਲੂ ਇਕੁ ਧਾਤੁ ॥ ਲੇਖਾ ਹੋਇ ਤ ਲਿਖੀਐ ਲੇਖੈ ਹੋਇ ਵਿਣਾਸੁ ॥ ਨਾਨਕ ਵਡਾ ਆਖੀਐ ਆਪੇ ਜਾਣੈ ਆਪੁ ॥ ੨੨॥ ਸਾਲਾਹੀ ਸਾਲਾਹਿ ਏਤੀ ਸੁਰਤਿ ਨ ਪਾਈਆ ॥ ਨਦੀਆ ਅਤੈ ਵਾਹ ਪਵਹਿ ਸਮੁੰਦਿ ਨ ਜਾਣੀਅਹਿ ॥ ਸਮੁੰਦ ਸਾਹ ਸੁਲਤਾਨ ਗਿਰਹਾ ਸੇਤੀ ਮਾਲੁ ਧਨੁ ॥ ਕੀੜੀ ਤੁਲਿ ਨ ਹੋਵਨੀ ਜੇ ਤਿਸੁ ਮਨਹੁ ਨ ਵੀਸਰਹਿ ॥੨੩॥ ਅੰਤੁ ਨ ਸਿਫਤੀ ਕਹਣਿ ਨ ਅੰਤੁ ॥ ਅੰਤੁ ਨ ਕਰਣੈ ਦੇਣਿ ਨ ਅੰਤੁ ॥ ਅੰਤੁ ਨ ਵੇਖਣਿ ਸੁਣਣਿ ਨ ਅੰਤੁ ॥ ਅੰਤੁ ਨ ਜਾਪੈ ਕਿਆ ਮਨਿ ਮੰਤੁ ॥ ਅੰਤੁ ਨ ਜਾਪੈ ਕੀਤਾ ਆਕਾਰੁ ॥ ਅੰਤੁ ਨ ਜਾਪੈ ਪਾਰਾਵਾਰੁ ॥ ਅੰਤ ਕਾਰਣਿ ਕੇਤੇ ਬਿਲਲਾਹਿ ॥ ਤਾ ਕੇ ਅੰਤ ਨ ਪਾਏ ਜਾਹਿ ॥ ਏਹੁ ਅੰਤੁ ਨ ਜਾਣੈ ਕੋਇ ॥ ਬਹੁਤਾ ਕਹੀਐ ਬਹੁਤਾ ਹੋਇ ॥ ਵਡਾ ਸਾਹਿਬੁ ਊਚਾ ਥਾਉ ॥ ਊਚੇ ਉਪਰਿ ਊਚਾ ਨਾਉ ॥ ਏਵਡੁ ਊਚਾ ਹੋਵੈ ਕੋਇ ॥ ਤਿਸੁ ਊਚੇ ਕਉ ਜਾਣੈ ਸੋਇ ॥ ਜੇਵਡੁ ਆਪਿ ਜਾਣੈ ਆਪਿ ਆਪਿ ॥ ਨਾਨਕ ਨਦਰੀ ਕਰਮੀ ਦਾਤਿ ॥੨੪॥ ਬਹੁਤਾ ਕਰਮੁ ਲਿਖਿਆ ਨਾ ਜਾਇ ॥ ਵਡਾ ਦਾਤਾ ਤਿਲੁ ਨ ਤਮਾਇ ॥ ਕੇਤੇ ਮੰਗਹਿ ਜੋਧ ਅਪਾਰ ॥ ਕੇਤਿਆ ਗਣਤ ਨਹੀ ਵੀਚਾਰੁ ॥ ਕੇਤੇ ਖਪਿ ਤੁਟਹਿ ਵੇਕਾਰ ॥ ਕੇਤੇ ਲੈ ਲੈ ਮੁਕਰੁ ਪਾਹਿ ॥ ਕੇਤੇ ਮੂਰਖ ਖਾਹੀ ਖਾਹਿ ॥ ਕੇਤਿਆ ਦੂਖ ਭੂਖ ਸਦ ਮਾਰ ॥ ਏਹਿ ਭਿ ਦਾਤਿ ਤੇਰੀ ਦਾਤਾਰ ॥ ਬੰਦਿ ਖਲਾਸੀ ਭਾਣੈ ਹੋਇ ॥ ਹੋਰੁ ਆਖਿ ਨ ਸਕੈ ਕੋਇ ॥ ਜੇ ਕੋ ਖਾਇਕੁ ਆਖਣਿ ਪਾਇ ॥ ਓਹੁ ਜਾਣੈ ਜੇਤੀਆ ਮੁਹਿ ਖਾਇ ॥ ਆਪੇ ਜਾਣੈ ਆਪੇ ਦੇਇ ॥ ਆਖਹਿ ਸਿ ਭਿ ਕੇਈ ਕੇਇ ॥ ਜਿਸ ਨੋ ਬਖਸੇ ਸਿਫਤਿ ਸਾਲਾਹ ॥ ਨਾਨਕ ਪਾਤਿਸਾਹੀ ਪਾਤਿਸਾਹੁ ॥੨੫॥ ਅਮੁਲ ਗੁਣ ਅਮੁਲ ਵਾਪਾਰ ॥ ਅਮੁਲ ਵਾਪਾਰੀਏ ਅਮੁਲ ਭੰਡਾਰ ॥ ਅਮੁਲ ਆਵਹਿ ਅਮੁਲ ਲੈ ਜਾਹਿ ॥ ਅਮੁਲ ਭਾਇ ਅਮੁਲਾ ਸਮਾਹਿ ॥ ਅਮੁਲੁ ਧਰਮੁ ਅਮੁਲੁ ਦੀਬਾਣੁ ॥ ਅਮੁਲੁ ਤੁਲੁ ਅਮੁਲੁ ਪਰਵਾਣੁ ॥ ਅਮੁਲੁ ਬਖਸੀਸ ਅਮੁਲੁ ਨੀਸਾਣੁ ॥ ਅਮੁਲੁ ਕਰਮੁ ਅਮੁਲੁ ਫੁਰਮਾਣੁ ॥ ਅਮੁਲੋ ਅਮੁਲੁ ਆਖਿਆ ਨ ਜਾਇ ॥ ਆਖਿ ਆਖਿ ਰਹੇ ਲਿਵ ਲਾਇ ॥ ਆਖਹਿ ਵੇਦ ਪਾਠ ਪੁਰਾਣ ॥ ਆਖਹਿ ਪੜੇ ਕਰਹਿ ਵਖਿਆਣ ॥ ਆਖਹਿ ਬਰਮੇ ਆਖਹਿ ਇੰਦ ॥ ਆਖਹਿ ਗੋਪੀ ਤੈ ਗੋਵਿੰਦ ॥ ਆਖਹਿ ਈਸਰ ਆਖਹਿ ਸਿਧ ॥ ਆਖਹਿ ਕੇਤੇ ਕੀਤੇ ਬੁਧ ॥ ਆਖਹਿ ਦਾਨਵ ਆਖਹਿ ਦੇਵ ॥ ਆਖਹਿ ਸੁਰਿ ਨਰ

ਮੁਨਿ ਜਨ ਸੇਵ ॥ ਕੇਤੇ ਆਖਹਿ ਆਖਣਿ ਪਾਹਿ ॥ ਕੇਤੇ ਕਹਿ ਕਹਿ ਉਠਿ ਉਠਿ ਜਾਹਿ ॥ ਏਤੇ ਕੀਤੇ ਹੋਰਿ ਕਰੇਹਿ ॥ ਤਾ ਆਖਿ ਨ ਸਕਹਿ ਕੇਈ ਕੇਇ ॥ ਜੇਵਡੁ ਭਾਵੈ ਤੇਵਡੁ ਹੋਇ ॥ ਨਾਨਕ ਜਾਣੈ ਸਾਚਾ ਸੋਇ ॥ ਜੇ ਕੋ ਆਖੈ ਬੋਲੁਵਿਗਾੜੁ ॥ ਤਾ ਲਿਖੀਐ ਸਿਰਿ ਗਾਵਾਰਾ ਗਾਵਾਰੁ ॥੨੬॥ ਸੋ ਦਰੁ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਨਾਦ ਅਨੇਕ ਅਸੰਖਾ ਕੇਤੇ ਵਾਵਣਹਾਰੇ ॥ ਕੇਤੇ ਰਾਗ ਪਰੀ ਸਿਉ ਕਹੀਅਨਿ ਕੇਤੇ ਗਾਵਣਹਾਰੇ ॥ ਗਾਵਹਿ ਤੁਹਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਹਿ ਚਿਤੁ ਗੁਪਤੁ ਲਿਖਿ ਜਾਣਹਿ ਲਿਖਿ ਲਿਖਿ ਧਰਮੁ ਵੀਚਾਰੇ ॥ ਗਾਵਹਿ ਈਸਰੁ ਬਰਮਾ ਦੇਵੀ ਸੋਹਨਿ ਸਦਾ ਸਵਾਰੇ ॥ ਗਾਵਹਿ ਇੰਦ ਇਦਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਹਿ ਸਿਧ ਸਮਾਧੀ ਅੰਦਰਿ ਗਾਵਨਿ ਸਾਧ ਵਿਚਾਰੇ ॥ ਗਾਵਨਿ ਜਤੀ ਸਤੀ ਸੰਤੋਖੀ ਗਾਵਹਿ ਵੀਰ ਕਰਾਰੇ ॥ ਗਾਵਨਿ ਪੰਡਿਤ ਪੜਨਿ ਰਖੀਸਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਹਿ ਮੋਹਣੀਆ ਮਨੁ ਮੋਹਨਿ ਸੁਰਗਾ ਮਛ ਪਇਆਲੇ ॥ ਗਾਵਨਿ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਹਿ ਜੋਧ ਮਹਾਬਲ ਸੂਰਾ ਗਾਵਹਿ ਖਾਣੀ ਚਾਰੇ ॥ ਗਾਵਹਿ ਖੰਡ ਮੰਡਲ ਵਰਭੰਡਾ ਕਰਿ ਕਰਿ ਰਖੇ ਧਾਰੇ ॥ ਸੇਈ ਤੁਧੁਨੋ ਗਾਵਹਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰ ਕੇਤੇ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਵੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਵੇਖੈ ਕੀਤਾ ਆਪਣਾ ਜਿਵ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਾਤਿਸਾਹਿਬੁ ਨਾਨਕ ਰਹਣੁ ਰਜਾਈ ॥੨੭॥ ਮੁੰਦਾ ਸੰਤੋਖੁ ਸਰਮੁ ਪਤੁ ਝੋਲੀ ਧਿਆਨ ਕੀ ਕਰਹਿ ਬਿਭੂਤਿ ॥ ਖਿੰਥਾ ਕਾਲੁ ਕੁਆਰੀ ਕਾਇਆ ਜੁਗਤਿ ਡੰਡਾ ਪਰਤੀਤਿ ॥ ਆਈ ਪੰਥੀ ਸਗਲ ਜਮਾਤੀ ਮਨਿ ਜੀਤੈ ਜਗੁ ਜੀਤੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੮॥ ਭੁਗਤਿ ਗਿਆਨੁ ਦਇਆ ਭੰਡਾਰਣਿ ਘਟਿ ਘਟਿ ਵਾਜਹਿ ਨਾਦ ॥ ਆਪਿ ਨਾਥੁ ਨਾਥੀ ਸਭ ਜਾ ਕੀ ਰਿਧਿ ਸਿਧਿ ਅਵਰਾ ਸਾਦ ॥ ਸੰਜੋਗੁ ਵਿਜੋਗੁ ਦੁਇ ਕਾਰ ਚਲਾਵਹਿ ਲੇਖੇ ਆਵਹਿ ਭਾਗ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ

ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੯॥ ਏਕਾ ਮਾਈ ਜੁਗਤਿ ਵਿਆਈ ਤਿਨਿ ਚੇਲੇ ਪਰਵਾਣੁ ॥ ਇਕੁ ਸੰਸਾਰੀ ਇਕੁ ਭੰਡਾਰੀ ਇਕੁ ਲਾਏ ਦੀਬਾਣੁ ॥ ਜਿਵ ਤਿਸੁ ਭਾਵੈ ਤਿਵੈ ਚਲਾਵੈ ਜਿਵ ਹੋਵੈ ਫੁਰਮਾਣੁ ॥ ਓਹੁ ਵੇਖੈ ਓਨਾ ਨਦਰਿ ਨ ਆਵੈ ਬਹੁਤਾ ਏਹੁ ਵਿਡਾਣੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੦॥ ਆਸਣੁ ਲੋਇ ਲੋਇ ਭੰਡਾਰ ॥ ਜੋ ਕਿਛੁ ਪਾਇਆ ਸੁ ਏਕਾ ਵਾਰ ॥ ਕਰਿ ਕਰਿ ਵੇਖੈ ਸਿਰਜਣਹਾਰੁ ॥ ਨਾਨਕ ਸਚੇ ਕੀ ਸਾਚੀ ਕਾਰ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੧॥ ਇਕ ਦੂ ਜੀਭੌ ਲਖ ਹੋਹਿ ਲਖ ਹੋਵਹਿ ਲਖ ਵੀਸ ॥ ਲਖੁ ਲਖੁ ਗੇੜਾ ਆਖੀਅਹਿ ਏਕੁ ਨਾਮੁ ਜਗਦੀਸ ॥ ਏਤੁ ਰਾਹਿ ਪਤਿ ਪਵੜੀਆ ਚੜੀਐ ਹੋਇ ਇਕੀਸ ॥ ਸੁਣਿ ਗਲਾ ਆਕਾਸ ਕੀ ਕੀਟਾ ਆਈ ਰੀਸ ॥ ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ ॥੩੨॥ ਆਖਣਿ ਜੋਰੁ ਚੁਪੈ ਨਹ ਜੋਰੁ ॥ ਜੋਰੁ ਨ ਮੰਗਣਿ ਦੇਣਿ ਨ ਜੋਰੁ ॥ ਜੋਰੁ ਨ ਜੀਵਣਿ ਮਰਣਿ ਨਹ ਜੋਰੁ ॥ ਜੋਰੁ ਨ ਰਾਜਿ ਮਾਲਿ ਮਨਿ ਸੋਰੁ ॥ ਜੋਰੁ ਨ ਸੁਰਤੀ ਗਿਆਨਿ ਵੀਚਾਰਿ ॥ ਜੋਰੁ ਨ ਜੁਗਤੀ ਛੁਟੈ ਸੰਸਾਰੁ ॥ ਜਿਸੁ ਹਥਿ ਜੋਰੁ ਕਰਿ ਵੇਖੈ ਸੋਇ ॥ ਨਾਨਕ ਉਤਮੁ ਨੀਚੁ ਨ ਕੋਇ ॥੩੩॥ ਰਾਤੀ ਰੁਤੀ ਥਿਤੀ ਵਾਰ ॥ ਪਵਣ ਪਾਣੀ ਅਗਨੀ ਪਾਤਾਲ ॥ ਤਿਸੁ ਵਿਚਿ ਧਰਤੀ ਥਾਪਿ ਰਖੀ ਧਰਮ ਸਾਲ ॥ ਤਿਸੁ ਵਿਚਿ ਜੀਅ ਜੁਗਤਿ ਕੇ ਰੰਗ ॥ ਤਿਨ ਕੇ ਨਾਮ ਅਨੇਕ ਅਨੰਤ ॥ ਕਰਮੀ ਕਰਮੀ ਹੋਇ ਵੀਚਾਰੁ ॥ ਸਚਾ ਆਪਿ ਸਚਾ ਦਰਬਾਰੁ ॥ ਤਿਥੈ ਸੋਹਨਿ ਪੰਚ ਪਰਵਾਣੁ ॥ ਨਦਰੀ ਕਰਮਿ ਪਵੈ ਨੀਸਾਣੁ ॥ ਕਚ ਪਕਾਈ ਓਥੈ ਪਾਇ ॥ ਨਾਨਕ ਗਇਆ ਜਾਪੈ ਜਾਇ ॥੩੪॥ ਧਰਮ ਖੰਡ ਕਾ ਏਹੋ ਧਰਮੁ ॥ ਗਿਆਨ ਖੰਡ ਕਾ ਆਖਹੁ ਕਰਮੁ ॥ ਕੇਤੇ ਪਵਣ ਪਾਣੀ ਵੈਸੰਤਰ ਕੇਤੇ ਕਾਨ ਮਹੇਸ ॥ ਕੇਤੇ ਬਰਮੇ ਘਾੜਤਿ ਘੜੀਅਹਿ ਰੂਪ ਰੰਗ ਕੇ ਵੇਸ ॥ ਕੇਤੀਆ ਕਰਮ ਭੂਮੀ ਮੇਰ ਕੇਤੇ ਕੇਤੇ ਧੂ ਉਪਦੇਸ ॥ ਕੇਤੇ ਇੰਦ ਚੰਦ ਸੂਰ ਕੇਤੇ ਕੇਤੇ ਮੰਡਲ ਦੇਸ ॥ ਕੇਤੇ ਸਿਧ ਬੁਧ ਨਾਥ ਕੇਤੇ ਕੇਤੇ ਦੇਵੀ ਵੇਸ ॥ ਕੇਤੇ ਦੇਵ ਦਾਨਵ ਮੁਨਿ ਕੇਤੇ ਕੇਤੇ ਰਤਨ ਸਮੁੰਦ ॥ ਕੇਤੀਆ ਖਾਣੀ ਕੇਤੀਆ ਬਾਣੀ ਕੇਤੇ ਪਾਤ ਨਰਿੰਦ ॥ ਕੇਤੀਆ ਸੁਰਤੀ ਸੇਵਕ ਕੇਤੇ ਨਾਨਕ ਅੰਤੁ ਨ ਅੰਤੁ ॥੩੫॥ ਗਿਆਨ ਖੰਡ ਮਹਿ ਗਿਆਨੁ ਪਰਚੰਡੁ ॥ ਤਿਥੈ ਨਾਦ ਬਿਨੋਦ ਕੋਡ ਅਨੰਦੁ ॥ ਸਰਮ ਖੰਡ ਕੀ ਬਾਣੀ ਰੂਪੁ ॥

ਤਿਥੈ ਘਾੜਤਿ ਘੜੀਐ ਬਹੁਤੁ ਅਨੂਪੁ ॥ ਤਾ ਕੀਆ ਗਲਾ ਕਥੀਆ ਨਾ ਜਾਹਿ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਤਿਥੈ ਘੜੀਐ ਸੁਰਤਿ ਮਤਿ ਮਨਿ ਬੁਧਿ ॥ ਤਿਥੈ ਘੜੀਐ ਸੁਰਾ ਸਿਧਾ ਕੀ ਸੁਧਿ ॥੩੬॥ ਕਰਮ ਖੰਡ ਕੀ ਬਾਣੀ ਜੋਰੁ ॥ ਤਿਥੈ ਹੋਰੁ ਨ ਕੋਈ ਹੋਰੁ ॥ ਤਿਥੈ ਜੋਧ ਮਹਾਬਲ ਸੂਰ ॥ ਤਿਨ ਮਹਿ ਰਾਮੁ ਰਹਿਆ ਭਰਪੂਰ ॥ ਤਿਥੈ ਸੀਤੋ ਸੀਤਾ ਮਹਿਮਾ ਮਾਹਿ ॥ ਤਾ ਕੇ ਰੂਪ ਨ ਕਥਨੇ ਜਾਹਿ ॥ ਨਾ ਓਹਿ ਮਰਹਿ ਨ ਠਾਗੇ ਜਾਹਿ ॥ ਜਿਨ ਕੈ ਰਾਮੁ ਵਸੈ ਮਨ ਮਾਹਿ ॥ ਤਿਥੈ ਭਗਤ ਵਸਹਿ ਕੇ ਲੋਅ ॥ ਕਰਹਿ ਅਨੰਦੁ ਸਚਾ ਮਨਿ ਸੋਇ ॥ ਸਚ ਖੰਡਿ ਵਸੈ ਨਿਰੰਕਾਰੁ ॥ ਕਰਿ ਕਰਿ ਵੇਖੈ ਨਦਰਿ ਨਿਹਾਲ ॥ ਤਿਥੈ ਖੰਡ ਮੰਡਲ ਵਰਭੰਡ ॥ ਜੇ ਕੋ ਕਥੈ ਤ ਅੰਤ ਨ ਅੰਤ ॥ ਤਿਥੈ ਲੋਅ ਲੋਅ ਆਕਾਰ ॥ ਜਿਵ ਜਿਵ ਹੁਕਮੁ ਤਿਵੈ ਤਿਵ ਕਾਰ ॥ ਵੇਖੈ ਵਿਗਸੈ ਕਰਿ ਵੀਚਾਰੁ ॥ ਨਾਨਕ ਕਥਨਾ ਕਰੜਾ ਸਾਰੁ ॥੩੭॥ ਜਤੁ ਪਾਹਾਰਾ ਧੀਰਜੁ ਸੁਨਿਆਰੁ ॥ ਅਹਰਣਿ ਮਤਿ ਵੇਦੁ ਹਥੀਆਰੁ ॥ ਭਉ ਖਲਾ ਅਗਨਿ ਤਪ ਤਾਉ ॥ ਭਾਂਡਾ ਭਾਉ ਅੰਮ੍ਰਿਤੁ ਤਿਤੁ ਢਾਲਿ ॥ ਘੜੀਐ ਸਬਦੁ ਸਚੀ ਟਕਸਾਲ ॥ ਜਿਨ ਕਉ ਨਦਰਿ ਕਰਮੁ ਤਿਨ ਕਾਰ ॥ ਨਾਨਕ ਨਦਰੀ ਨਦਰਿ ਨਿਹਾਲ ॥੩੮॥ ਸਲੋਕੁ ॥ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ ॥੧॥

ਅੰਗ 1 ਤੋਂ 8 ਤੱਕ ਪਾਠ ਜਪੁਜੀ ਸਾਹਿਬ ਹੈ ਅਤੇ ਅੰਗ 8 ਤੋਂ ਪਾਠ ਰਹਿਰਾਸ ਸਾਹਿਬ ਸ਼ੁਰੂ ਹੋ ਜਾਂਦਾ ਹੈ, ਜੋ ਅੰਗ 13 ਤੱਕ ਹੈ।

ਰਹਿਰਾਸ ਸਾਹਿਬ

ਰਹਿਰਾਸ ਸਾਹਿਬ ਵਿਚ ਪਹਿਲੇ ਪਾਤਸ਼ਾਹ, ਚੌਥੇ ਪਾਤਸ਼ਾਹ ਅਤੇ ਪੰਜਵੇ ਪਾਤਸ਼ਾਹ ਦੇ ਸਲੋਕ ਹਨ।

ਸੋ ਦਰੁ ਰਾਗੁ ਆਸਾ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ ॥ ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥

ਆਸਾ ਮਹਲਾ ੧ ॥ ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥

ਆਸਾ ਮਹਲਾ ੧ ॥ ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੩॥

ਰਾਗੁ ਆਸਾ ਮਹਲਾ ੪ ਸੋ ਪੁਰਖੁ --

ਆਸਾ ਮਹਲਾ ੧ ॥ ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂ ਨਾਹੀ ਵੀਸਰਿਆ ॥੨॥੩॥

ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥ ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥ ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥ ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥ ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥ ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥ ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥੪॥੧॥ ਰਾਗੁ ਆਸਾ ਮਹਲਾ ੧ ॥ ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰੁ ਗੁਰੁ ਏਕੋ ਵੇਸ ਅਨੇਕ ॥੧॥ ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥

ਰਾਗੁ ਧਨਾਸਰੀ ਮਹਲਾ ੧ ॥ ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ॥ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋੁਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ

ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥

ਸਿਰੀਰਾਗੁ ਮਹਲਾ ਪਹਿਲਾ ੧ ਘਰੁ ੧

ਅੰਗ 14 ਤੋਂ ਸ੍ਰੀ ਰਾਗ ਵਿਚ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 25 ਤੱਕ ਹੈ।

ੴ ਸਤਿਗੁਰ ਪ੍ਰਸਾਦਿ ॥

ਰਾਗੁ ਸਿਰੀਰਾਗੁ ਮਹਲਾ ਪਹਿਲਾ ੧ ਘਰੁ ੧ ॥ ਮੋਤੀ ਤ ਮੰਦਰ ਊਸਰਹਿ ਰਤਨੀ ਤ ਹੋਹਿ ਜੜਾਉ ॥ ਕਸਤੂਰਿ ਕੁੰਗੂ ਅਗਰਿ ਚੰਦਨਿ ਲੀਪਿ ਆਵੈ ਚਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੧॥ ਹਰਿ ਬਿਨੁ ਜੀਉ ਜਲਿ ਬਲਿ ਜਾਉ ॥ ਮੈ ਆਪਣਾ ਗੁਰੁ ਪੂਛਿ ਦੇਖਿਆ ਅਵਰੁ ਨਾਹੀ ਥਾਉ ॥੧॥ ਰਹਾਉ ॥ ਧਰਤੀ ਤ ਹੀਰੇ ਲਾਲ ਜੜਤੀ ਪਲਘਿ ਲਾਲ ਜੜਾਉ ॥ ਮੋਹਣੀ ਮੁਖਿ ਮਣੀ ਸੋਹੈ ਕਰੇ ਰੰਗਿ ਪਸਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੨॥ ਸਿਧੁ ਹੋਵਾ ਸਿਧਿ ਲਾਈ ਰਿਧਿ ਆਖਾ ਆਉ ॥ ਗੁਪਤੁ ਪਰਗਟੁ ਹੋਇ ਬੈਸਾ ਲੋਕੁ ਰਾਖੈ ਭਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੩॥ ਸੁਲਤਾਨੁ ਹੋਵਾ ਮੇਲਿ ਲਸਕਰ ਤਖਤਿ ਰਾਖਾ ਪਾਉ ॥ ਹੁਕਮੁ ਹਾਸਲੁ ਕਰੀ ਬੈਠਾ ਨਾਨਕਾ ਸਭ ਵਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੪॥੧॥ ਸਿਰੀਰਾਗੁ ਮਹਲਾ ੧ ॥ ਕੋਟਿ ਕੋਟੀ ਮੇਰੀ ਆਰਜਾ ਪਵਣੁ ਪੀਅਣੁ ਅਪਿਆਉ ॥ ਚੰਦੁ ਸੂਰਜੁ ਦੁਇ ਗੁਫੈ ਨ ਦੇਖਾ

ਸੁਪਨੈ ਸਉਣ ਨ ਥਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੧॥ ਸਾਚਾ ਨਿਰੰਕਾਰੁ ਨਿਜ ਥਾਇ ॥ ਸੁਣਿ ਸੁਣਿ ਆਖਣੁ ਆਖਣਾ ਜੇ ਭਾਵੈ ਕਰੇ ਤਮਾਇ ॥੧॥ ਰਹਾਉ ॥ ਕੁਸਾ ਕਟੀਆ ਵਾਰ ਵਾਰ ਪੀਸਣਿ ਪੀਸਾ ਪਾਇ ॥ ਅਗੀ ਸੇਤੀ ਜਾਲੀਆ ਭਸਮ ਸੇਤੀ ਰਲਿ ਜਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੨॥ ਪੰਖੀ ਹੋਇ ਕੈ ਜੇ ਭਵਾ ਸੈ ਅਸਮਾਨੀ ਜਾਉ ॥ ਨਦਰੀ ਕਿਸੈ ਨ ਆਵਊ ਨਾ ਕਿਛੁ ਪੀਆ ਨ ਖਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੩॥ ਨਾਨਕ ਕਾਗਦ ਲਖ ਮਣਾ ਪੜਿ ਪੜਿ ਕੀਚੈ ਭਾਉ ॥ ਮਸੂ ਤੋਟਿ ਨ ਆਵਈ ਲੇਖਣਿ ਪਉਣੁ ਚਲਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੪॥੨॥ ਸਿਰੀਰਾਗੁ ਮਹਲਾ ੧ ॥ ਲੇਖੈ ਬੋਲਣੁ ਬੋਲਣਾ ਲੇਖੈ ਖਾਣਾ ਖਾਉ ॥ ਲੇਖੈ ਵਾਟ ਚਲਾਈਆ ਲੇਖੈ ਸੁਣਿ ਵੇਖਾਉ ॥ ਲੇਖੈ ਸਾਹ ਲਵਾਈਅਹਿ ਪੜੇ ਕਿ ਪੁਛਣ ਜਾਉ ॥੧॥ ਬਾਬਾ ਮਾਇਆ ਰਚਨਾ ਧੋਹੁ ॥ ਅੰਧੈ ਨਾਮੁ ਵਿਸਾਰਿਆ ਨਾ ਤਿਸੁ ਏਹ ਨ ਓਹੁ ॥੧॥ ਰਹਾਉ ॥ ਜੀਵਣ ਮਰਣਾ ਜਾਇ ਕੈ ਏਥੈ ਖਾਜੈ ਕਾਲਿ ॥ ਜਿਥੈ ਬਹਿ ਸਮਝਾਈਐ ਤਿਥੈ ਕੋਇ ਨ ਚਲਿਓ ਨਾਲਿ ॥ ਰੋਵਣ ਵਾਲੇ ਜੇਤੜੇ ਸਭਿ ਬੰਨਹਿ ਪੰਡ ਪਰਾਲਿ ॥੨॥ ਸਭੁ ਕੋ ਆਖੈ ਬਹੁਤੁ ਬਹੁਤੁ ਘਟਿ ਨ ਆਖੈ ਕੋਇ ॥ ਕੀਮਤਿ ਕਿਨੈ ਨ ਪਾਈਆ ਕਹਣਿ ਨ ਵਡਾ ਹੋਇ ॥ ਸਾਚਾ ਸਾਹਬੁ ਏਕੁ ਤੂ ਹੋਰਿ ਜੀਆ ਕੇਤੇ ਲੋਅ ॥ ੩॥ ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ ॥ ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ ॥ ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸ ॥੪॥੩॥

ਸਿਰੀਰਾਗੁ ਮਹਲਾ ੧ ॥ ਲਬੁ ਕੁਤਾ ਕੂੜੁ ਚੂਹੜਾ ਠਗਿ ਖਾਧਾ ਮੁਰਦਾਰੁ ॥ ਪਰ ਨਿੰਦਾ ਪਰ ਮਲੁ ਮੁਖਿ ਸੁਧੀ ਅਗਨਿ ਕ੍ਰੋਧੁ ਚੰਡਾਲੁ ॥ ਰਸ ਕਸ ਆਪੁ ਸਲਾਹਣਾ ਏ ਕਰਮ ਮੇਰੇ ਕਰਤਾਰ ॥੧॥ ਬਾਬਾ ਬੋਲੀਐ ਪਤਿ ਹੋਇ ॥ ਊਤਮ ਸੇ ਦਰਿ ਊਤਮ ਕਹੀਅਹਿ ਨੀਚ ਕਰਮ ਬਹਿ ਰੋਇ ॥੧॥ ਰਹਾਉ ॥ ਰਸੁ ਸੁਇਨਾ ਰਸੁ ਰੁਪਾ ਕਾਮਣਿ ਰਸੁ ਪਰਮਲ ਕੀ ਵਾਸੁ ॥ ਰਸੁ ਘੋੜੇ ਰਸੁ ਸੇਜਾ ਮੰਦਰ ਰਸੁ ਮੀਠਾ ਰਸੁ ਮਾਸੁ ॥ ਏਤੇ ਰਸ ਸਰੀਰ ਕੇ ਕੈ ਘਟਿ ਨਾਮ ਨਿਵਾਸੁ ॥੨॥ ਜਿਤੁ ਬੋਲਿਐ ਪਤਿ ਪਾਈਐ ਸੋ ਬੋਲਿਆ ਪਰਵਾਣੁ ॥ ਫਿਕਾ ਬੋਲਿ ਵਿਗੁਚਣਾ ਸੁਣਿ ਮੂਰਖ ਮਨ ਅਜਾਣ ॥ ਜੋ ਤਿਸੁ ਭਾਵਹਿ ਸੇ ਭਲੇ ਹੋਰਿ ਕਿ ਕਹਣ ਵਖਾਣ ॥੩॥ ਤਿਨ ਮਤਿ ਤਿਨ ਪਤਿ

ਤਿਨ ਧਨੁ ਪਲੈ ਜਿਨ ਹਿਰਦੈ ਰਹਿਆ ਸਮਾਇ ॥ ਤਿਨ ਕਾ ਕਿਆ ਸਾਲਾਹਣਾ ਅਵਰ ਸੁਆਲਿਉ ਕਾਇ ॥ ਨਾਨਕ ਨਦਰੀ ਬਾਹਰੇ ਰਾਚਹਿ ਦਾਨਿ ਨ ਨਾਇ ॥ ੪॥੪॥ ਸਿਰੀਰਾਗੁ ਮਹਲਾ ੧ ॥ ਅਮਲੁ ਗਲੋਲਾ ਕੂੜ ਕਾ ਦਿਤਾ ਦੇਵਣਹਾਰਿ ॥ ਮਤੀ ਮਰਣੁ ਵਿਸਾਰਿਆ ਖੁਸੀ ਕੀਤੀ ਦਿਨ ਚਾਰਿ ॥ ਸਚੁ ਮਿਲਿਆ ਤਿਨ ਸੋਫੀਆ ਰਾਖਣ ਕਉ ਦਰਵਾਰੁ ॥੧॥ ਨਾਨਕ ਸਾਚੇ ਕਉ ਸਚੁ ਜਾਣੁ ॥ ਜਿਤੁ ਸੇਵਿਐ ਸੁਖੁ ਪਾਈਐ ਤੇਰੀ ਦਰਗਹ ਚਲੈ ਮਾਣੁ ॥੧॥ ਰਹਾਉ ॥ ਸਚੁ ਸਰਾ ਗੁੜ ਬਾਹਰਾ ਜਿਸੁ ਵਿਚਿ ਸਚਾ ਨਾਉ ॥ ਸੁਣਹਿ ਵਖਾਣਹਿ ਜੇਤੜੇ ਹਉ ਤਿਨ ਬਲਿਹਾਰੈ ਜਾਉ ॥ ਤਾ ਮਨੁ ਖੀਵਾ ਜਾਣੀਐ ਜਾ ਮਹਲੀ ਪਾਏ ਥਾਉ ॥੨॥ ਨਾਉ ਨੀਰੁ ਚੰਗਿਆਈਆ ਸਤੁ ਪਰਮਲੁ ਤਨਿ ਵਾਸੁ ॥ ਤਾ ਮੁਖੁ ਹੋਵੈ ਉਜਲਾ ਲਖ ਦਾਤੀ ਇਕ ਦਾਤਿ ॥ ਦੂਖ ਤਿਸੈ ਪਹਿ ਆਖੀਅਹਿ ਸੂਖ ਜਿਸੈ ਹੀ ਪਾਸਿ ॥੩॥ ਸੋ ਕਿਉ ਮਨਹੁ ਵਿਸਾਰੀਐ ਜਾ ਕੇ ਜੀਅ ਪਰਾਣ ॥ ਤਿਸੁ ਵਿਣੁ ਸਭੁ ਅਪਵਿਤ੍ਰੁ ਹੈ ਜੇਤਾ ਪੈਨਣੁ ਖਾਣੁ ॥ ਹੋਰਿ ਗਲਾਂ ਸਭਿ ਕੂੜੀਆ ਤੁਧੁ ਭਾਵੈ ਪਰਵਾਣੁ ॥੪॥੫॥ ਸਿਰੀਰਾਗੁ ਮਹਲੁ ੧ ॥ ਜਾਲਿ ਮੋਹੁ ਘਸਿ ਮਸੁ ਕਰਿ ਮਤਿ ਕਾਗਦੁ ਕਰਿ ਸਾਰੁ ॥ ਭਾਉ ਕਲਮ ਕਰਿ ਚਿਤੁ ਲੇਖਾਰੀ ਗੁਰ ਪੁਛਿ ਲਿਖੁ ਬੀਚਾਰੁ ॥ ਲਿਖੁ ਨਾਮੁ ਸਾਲਾਹ ਲਿਖੁ ਲਿਖੁ ਅੰਤੁ ਨ ਪਾਰਾਵਾਰੁ ॥੧॥ ਬਾਬਾ ਏਹੁ ਲੇਖਾ ਲਿਖਿ ਜਾਣੁ ॥ ਜਿਥੈ ਲੇਖਾ ਮੰਗੀਐ ਤਿਥੈ ਹੋਇ ਸਚਾ ਨੀਸਾਣੁ ॥੧॥ ਰਹਾਉ ॥ ਜਿਥੈ ਮਿਲਹਿ ਵਡਿਆਈਆ ਸਦ ਖੁਸੀਆ ਸਦ ਚਾਉ ॥ ਤਿਨ ਮੁਖਿ ਟਿਕੇ ਨਿਕਲਹਿ ਜਿਨ ਮਨਿ ਸਚਾ ਨਾਉ ॥ ਕਰਮਿ ਮਿਲੈ ਤਾ ਪਾਈਐ ਨਾਹੀ ਗਲੀ ਵਾਉ ਦੁਆਉ ॥੨॥ ਇਕਿ ਆਵਹਿ ਇਕਿ ਜਾਹਿ ਉਠਿ ਰਖੀਅਹਿ ਨਾਵ ਸਲਾਰ ॥ ਇਕਿ ਉਪਾਏ ਮੰਗਤੇ ਇਕਨਾ ਵਡੇ ਦਰਵਾਰ ॥ ਅਗੈ ਗਇਆ ਜਾਣੀਐ ਵਿਣੁ ਨਾਵੈ ਵੇਕਾਰ ॥੩॥ ਭੈ ਤੇਰੈ ਡਰੁ ਅਗਲਾ ਖਪਿ ਖਪਿ ਛਿਜੈ ਦੇਹ ॥ ਨਾਵ ਜਿਨਾ ਸੁਲਤਾਨ ਖਾਨ ਹੋਦੇ ਡਿਠੇ ਖੇਹ ॥ ਨਾਨਕ ਉਠੀ ਚਲਿਆ ਸਭਿ ਕੂੜੇ ਤੁਟੇ ਨੇਹ ॥੪॥੬॥ ਸਿਰੀਰਾਗੁ ਮਹਲਾ ੧ ॥ ਸਭਿ ਰਸ ਮਿਠੇ ਮੰਨਿਐ ਸੁਣਿਐ ਸਾਲੋਣੇ ॥ ਖਟ ਤੁਰਸੀ ਮੁਖਿ ਬੋਲਣਾ ਮਾਰਣ ਨਾਦ ਕੀਏ ॥ ਛਤੀਹ ਅੰਮ੍ਰਿਤ ਭਾਉ ਏਕੁ ਜਾ ਕਉ ਨਦਰਿ ਕਰੇਇ ॥੧॥ ਬਾਬਾ ਹੋਰੁ ਖਾਣਾ ਖੁਸੀ ਖੁਆਰੁ ॥ ਜਿਤੁ ਖਾਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ ॥੧॥ ਰਹਾਉ ॥ ਰਤਾ ਪੈਨਣੁ ਮਨੁ ਰਤਾ ਸੁਪੇਦੀ ਸਤੁ ਦਾਨੁ ॥ ਨੀਲੀ ਸਿਆਹੀ ਕਦਾ ਕਰਣੀ ਪਹਿਰਣੁ

ਪੈਰ ਧਿਆਨੁ ॥ ਕਮਰਬੰਦੁ ਸੰਤੋਖ ਕਾ ਧਨੁ ਜੋਬਨੁ ਤੇਰਾ ਨਾਮੁ ॥੨॥ ਬਾਬਾ ਹੋਰੁ ਪੈਨਣੁ ਖੁਸੀ ਖੁਆਰੁ ॥ ਜਿਤੁ ਪੈਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ ॥੧॥ ਰਹਾਉ ॥ ਘੋੜੇ ਪਾਖਰ ਸੁਇਨੇ ਸਾਖਤਿ ਬੂਝਣੁ ਤੇਰੀ ਵਾਟ ॥ ਤਰਕਸ ਤੀਰ ਕਮਾਣ ਸਾਂਗ ਤੇਗਬੰਦ ਗੁਣ ਧਾਤੁ ॥ ਵਾਜਾ ਨੇਜਾ ਪਤਿ ਸਿਉ ਪਰਗਟੁ ਕਰਮੁ ਤੇਰਾ ਮੇਰੀ ਜਾਤਿ ॥੩॥ ਬਾਬਾ ਹੋਰੁ ਚੜਣਾ ਖੁਸੀ ਖੁਆਰੁ ॥ ਜਿਤੁ ਚੜਿਐ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ ॥੧॥ ਰਹਾਉ ॥ ਘਰ ਮੰਦਰ ਖੁਸੀ ਨਾਮ ਕੀ ਨਦਰਿ ਤੇਰੀ ਪਰਵਾਰੁ ॥ ਹੁਕਮੁ ਸੋਈ ਤੁਧੁ ਭਾਵਸੀ ਹੋਰੁ ਆਖਣੁ ਬਹੁਤੁ ਅਪਾਰੁ ॥ ਨਾਨਕ ਸਚਾ ਪਾਤਿਸਾਹੁ ਪੂਛਿ ਨ ਕਰੇ ਬੀਚਾਰੁ ॥੪॥ ਬਾਬਾ ਹੋਰੁ ਸਉਣਾ ਖੁਸੀ ਖੁਆਰੁ ॥ ਜਿਤੁ ਸੁਤੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ ॥੧॥ ਰਹਾਉ ॥੪॥੭॥ ਸਿਰੀਰਾਗੁ ਮਹਲਾ ੧ ॥ ਕੁੰਗੂ ਕੀ ਕਾਂਇਆ ਰਤਨਾ ਕੀ ਲਲਿਤਾ ਅਗਰਿ ਵਾਸੁ ਤਨਿ ਸਾਸੁ ॥ ਅਠਸਠਿ ਤੀਰਥ ਕਾ ਮੁਖਿ ਟਿਕਾ ਤਿਤੁ ਘਟਿ ਮਤਿ ਵਿਗਾਸੁ ॥ ਓਤੁ ਮਤੀ ਸਾਲਾਹਣਾ ਸਚੁ ਨਾਮੁ ਗੁਣਤਾਸੁ ॥੧॥ ਬਾਬਾ ਹੋਰ ਮਤਿ ਹੋਰ ਹੋਰ ॥ ਜੇ ਸਉ ਵੇਰ ਕਮਾਈਐ ਕੂੜੈ ਕੂੜਾ ਜੋਰੁ ॥੧॥ ਰਹਾਉ ॥ ਪੂਜ ਲਗੈ ਪੀਰੁ ਆਖੀਐ ਸਭੁ ਮਿਲੈ ਸੰਸਾਰੁ ॥ ਨਾਉ ਸਦਾਏ ਆਪਣਾ ਹੋਵੈ ਸਿਧੁ ਸੁਮਾਰੁ ॥ ਜਾ ਪਤਿ ਲੇਖੈ ਨ ਪਵੈ ਸਭਾ ਪੂਜ ਖੁਆਰੁ ॥੨॥ ਜਿਨ ਕਉ ਸਤਿਗੁਰਿ ਥਾਪਿਆ ਤਿਨ ਮੇਟਿ ਨ ਸਕੈ ਕੋਇ ॥ ਓਨਾ ਅੰਦਰਿ ਨਾਮੁ ਨਿਧਾਨੁ ਹੈ ਨਾਮੋ ਪਰਗਟੁ ਹੋਇ ॥ ਨਾਉ ਪੂਜੀਐ ਨਾਉ ਮੰਨੀਐ ਅਖੰਡੁ ਸਦਾ ਸਚੁ ਸੋਇ ॥੩॥ ਖੇਹੂ ਖੇਹ ਰਲਾਈਐ ਤਾ ਜੀਉ ਕੇਹਾ ਹੋਇ ॥ ਜਲੀਆ ਸਭਿ ਸਿਆਣਪਾ ਉਠੀ ਚਲਿਆ ਰੋਇ ॥ ਨਾਨਕ ਨਾਮਿ ਵਿਸਾਰਿਐ ਦਰਿ ਗਇਆ ਕਿਆ ਹੋਇ ॥੪॥੮॥ ਸਿਰੀਰਾਗੁ ਮਹਲਾ ੧ ॥ ਗੁਣਵੰਤੀ ਗੁਣ ਵੀਥਰੈ ਅਉਗੁਣਵੰਤੀ ਝੂਰਿ ॥ ਜੇ ਲੋੜਹਿ ਵਰੁ ਕਾਮਣੀ ਨਹ ਮਿਲੀਐ ਪਿਰ ਕੂਰਿ ॥ ਨਾ ਬੇੜੀ ਨਾ ਤੁਲਹੜਾ ਨਾ ਪਾਈਐ ਪਿਰੁ ਦੂਰਿ ॥੧॥ ਮੇਰੇ ਠਾਕੁਰ ਪੂਰੈ ਤਖਤਿ ਅਡੋਲੁ ॥ ਗੁਰਮੁਖਿ ਪੂਰਾ ਜੇ ਕਰੇ ਪਾਈਐ ਸਾਚੁ ਅਤੋਲੁ ॥੧॥ ਰਹਾਉ ॥ ਪ੍ਰਭੁ ਹਰਿਮੰਦਰੁ ਸੋਹਣਾ ਤਿਸੁ ਮਹਿ ਮਾਣਕ ਲਾਲ ॥ ਮੋਤੀ ਹੀਰਾ ਨਿਰਮਲਾ ਕੰਚਨ ਕੋਟ ਰੀਸਾਲ ॥ ਬਿਨੁ ਪਉੜੀ ਗੜਿ ਕਿਉ ਚੜਉ ਗੁਰ ਹਰਿ ਧਿਆਨ ਨਿਹਾਲ ॥੨॥ ਗੁਰੁ ਪਉੜੀ ਬੇੜੀ ਗੁਰੂ ਗੁਰੁ ਤੁਲਹਾ ਹਰਿ ਨਾਉ ॥ ਗੁਰੁ ਸਰੁ ਸਾਗਰੁ ਬੋਹਿਥੋ ਗੁਰੁ ਤੀਰਥੁ ਦਰੀਆਉ ॥ ਜੇ ਤਿਸੁ ਭਾਵੈ ਊਜਲੀ ਸਤ ਸਰਿ

ਨਾਵਣ ਜਾਉ ॥੩॥ ਪੂਰੋ ਪੂਰੋ ਆਖੀਐ ਪੂਰੈ ਤਖਤਿ ਨਿਵਾਸ ॥ ਪੂਰੈ ਥਾਨਿ ਸੁਹਾਵਣੈ ਪੂਰੈ ਆਸ ਨਿਰਾਸ ॥ ਨਾਨਕ ਪੂਰਾ ਜੇ ਮਿਲੈ ਕਿਉ ਘਾਟੈ ਗੁਣ ਤਾਸ ॥੪॥੯॥

ਸਿਰੀਰਾਗੁ ਮਹਲਾ ੧ ॥ ਆਵਹੁ ਭੈਣੇ ਗਲਿ ਮਿਲਹ ਅੰਕਿ ਸਹੇਲੜੀਆਹ ॥ ਮਿਲਿ ਕੈ ਕਰਹ ਕਹਾਣੀਆ ਸੰਮ੍ਰਥ ਕੰਤ ਕੀਆਹ ॥ ਸਾਚੇ ਸਾਹਿਬ ਸਭਿ ਗੁਣ ਅਉਗਣ ਸਭਿ ਅਸਾਹ ॥੧॥ ਕਰਤਾ ਸਭੁ ਕੋ ਤੇਰੈ ਜੋਰਿ ॥ ਏਕੁ ਸਬਦੁ ਬੀਚਾਰੀਐ ਜਾ ਤੂ ਤਾ ਕਿਆ ਹੋਰਿ ॥੧॥ ਰਹਾਉ ॥ ਜਾਇ ਪੁਛਹੁ ਸੋਹਾਗਣੀ ਤੁਸੀ ਰਾਵਿਆ ਕਿਨੀ ਗੁਣੀ ॥ ਸਹਜਿ ਸੰਤੋਖਿ ਸੀਗਾਰੀਆ ਮਿਠਾ ਬੋਲਣੀ ॥ ਪਿਰੁ ਰੀਸਾਲੂ ਤਾ ਮਿਲੈ ਜਾ ਗੁਰ ਕਾ ਸਬਦੁ ਸੁਣੀ ॥੨॥ ਕੇਤੀਆ ਤੇਰੀਆ ਕੁਦਰਤੀ ਕੇਵਡ ਤੇਰੀ ਦਾਤਿ ॥ ਕੇਤੇ ਤੇਰੇ ਜੀਅ ਜੰਤ ਸਿਫਤਿ ਕਰਹਿ ਦਿਨੁ ਰਾਤਿ ॥ ਕੇਤੇ ਤੇਰੇ ਰੂਪ ਰੰਗ ਕੇਤੇ ਜਾਤਿ ਅਜਾਤਿ ॥੩॥ ਸਚੁ ਮਿਲੈ ਸਚੁ ਊਪਜੈ ਸਚ ਮਹਿ ਸਾਚਿ ਸਮਾਇ ॥ ਸੁਰਤਿ ਹੋਵੈ ਪਤਿ ਊਗਵੈ ਗੁਰਬਚਨੀ ਭਉ ਖਾਇ ॥ ਨਾਨਕ ਸਚਾ ਪਾਤਿਸਾਹੁ ਆਪੇ ਲਏ ਮਿਲਾਇ ॥੪॥੧੦॥ ਸਿਰੀਰਾਗੁ ਮਹਲਾ ੧ ॥ ਭਲੀ ਸਰੀ ਜਿ ਉਬਰੀ ਹਉਮੈ ਮੁਈ ਘਰਾਹੁ ॥ ਦੂਤ ਲਗੇ ਫਿਰਿ ਚਾਕਰੀ ਸਤਿਗੁਰ ਕਾ ਵੇਸਾਹੁ ॥ ਕਲਪ ਤਿਆਗੀ ਬਾਦਿ ਹੈ ਸਚਾ ਵੇਪਰਵਾਹੁ ॥੧॥ ਮਨ ਰੇ ਸਚੁ ਮਿਲੈ ਭਉ ਜਾਇ ॥ ਭੈ ਬਿਨੁ ਨਿਰਭਉ ਕਿਉ ਥੀਐ ਗੁਰਮੁਖਿ ਸਬਦਿ ਸਮਾਇ ॥੧॥ ਰਹਾਉ ॥ ਕੇਤਾ ਆਖਣੁ ਆਖੀਐ ਆਖਣਿ ਤੋਟਿ ਨ ਹੋਇ ॥ ਮੰਗਣ ਵਾਲੇ ਕੇਤੜੇ ਦਾਤਾ ਏਕੋ ਸੋਇ ॥ ਜਿਸ ਕੇ ਜੀਅ ਪਰਾਣ ਹੈ ਮਨਿ ਵਸਿਐ ਸੁਖੁ ਹੋਇ ॥੨॥ ਜਗੁ ਸੁਪਨਾ ਬਾਜੀ ਬਨੀ ਖਿਨ ਮਹਿ ਖੇਲੁ ਖੇਲਾਇ ॥ ਸੰਜੋਗੀ ਮਿਲਿ ਏਕਸੇ ਵਿਜੋਗੀ ਉਠਿ ਜਾਇ ॥ ਜੋ ਤਿਸੁ ਭਾਣਾ ਸੋ ਥੀਐ ਅਵਰੁ ਨ ਕਰਣਾ ਜਾਇ ॥੩॥ ਗੁਰਮੁਖਿ ਵਸਤੁ ਵੇਸਾਹੀਐ ਸਚੁ ਵਖਰੁ ਸਚੁ ਰਾਸਿ ॥ ਜਿਨੀ ਸਚੁ ਵਣੰਜਿਆ ਗੁਰ ਪੂਰੇ ਸਾਬਾਸਿ ॥ ਨਾਨਕ ਵਸਤੁ ਪਛਾਣਸੀ ਸਚੁ ਸਉਦਾ ਜਿਸੁ ਪਾਸਿ ॥੪॥੧੧॥ ਸਿਰੀਰਾਗੁ ਮਹਲੁ ੧ ॥ ਧਾਤੁ ਮਿਲੈ ਫੁਨਿ ਧਾਤੁ ਕਉ ਸਿਫਤੀ ਸਿਫਤਿ ਸਮਾਇ ॥ ਲਾਲੁ ਗੁਲਾਲੁ ਗਹਬਰਾ ਸਚਾ ਰੰਗੁ ਚੜਾਉ ॥ ਸਚੁ ਮਿਲੈ ਸੰਤੋਖੀਆ ਹਰਿ ਜਪਿ ਏਕੈ ਭਾਇ ॥੧॥ ਭਾਈ ਰੇ ਸੰਤ ਜਨਾ ਕੀ ਰੇਣੁ ॥ ਸੰਤ ਸਭਾ ਗੁਰੁ ਪਾਈਐ ਮੁਕਤਿ ਪਦਾਰਥੁ ਧੇਣੁ ॥੧॥ ਰਹਾਉ ॥ ਊਚਉ ਥਾਨੁ ਸੁਹਾਵਣਾ ਊਪਰਿ

ਮਹਲੁ ਮੁਰਾਰਿ ॥ ਸਚੁ ਕਰਣੀ ਦੇ ਪਾਈਐ ਦਰੁ ਘਰੁ ਮਹਲੁ ਪਿਆਰਿ ॥ ਗੁਰਮੁਖਿ ਮਨੁ ਸਮਝਾਈਐ ਆਤਮ ਰਾਮੁ ਬੀਚਾਰਿ ॥੨॥ ਤ੍ਰਿਬਿਧਿ ਕਰਮ ਕਮਾਈਅਹਿ ਆਸ ਅੰਦੇਸਾ ਹੋਇ ॥ ਕਿਉ ਗੁਰ ਬਿਨੁ ਤ੍ਰਿਕੁਟੀ ਛੁਟਸੀ ਸਹਜਿ ਮਿਲਿਐ ਸੁਖੁ ਹੋਇ ॥ ਨਿਜ ਘਰਿ ਮਹਲੁ ਪਛਾਣੀਐ ਨਦਰਿ ਕਰੇ ਮਲੁ ਧੋਇ ॥੩॥ ਬਿਨੁ ਗੁਰ ਮੈਲੁ ਨ ਉਤਰੈ ਬਿਨੁ ਹਰਿ ਕਿਉ ਘਰ ਵਾਸੁ ॥ ਏਕੋ ਸਬਦੁ ਵੀਚਾਰੀਐ ਅਵਰ ਤਿਆਗੈ ਆਸ ॥ ਨਾਨਕ ਦੇਖਿ ਦਿਖਾਈਐ ਹਉ ਸਦ ਬਲਿਹਾਰੈ ਜਾਸੁ ॥੪॥ ੧੨॥

ਸਿਰੀਰਾਗੁ ਮਹਲਾ ੧ ॥ ਧ੍ਰਿਗੁ ਜੀਵਣੁ ਦੋਹਾਗਣੀ ਮੁਠੀ ਦੂਜੈ ਭਾਇ ॥ ਕਲਰ ਕੇਰੀ ਕੰਧ ਜਿਉ ਅਹਿਨਿਸਿ ਕਿਰਿ ਢਹਿ ਪਾਇ ॥ ਬਿਨੁ ਸਬਦੈ ਸੁਖੁ ਨਾ ਥੀਐ ਪਿਰ ਬਿਨੁ ਦੂਖੁ ਨ ਜਾਇ ॥੧॥ ਮੁੰਧੇ ਪਿਰ ਬਿਨੁ ਕਿਆ ਸੀਗਾਰੁ ॥ ਦਰਿ ਘਰਿ ਢੋਈ ਨ ਲਹੈ ਦਰਗਹ ਝੂਠੁ ਖੁਆਰੁ ॥੧॥ ਰਹਾਉ ॥ ਆਪਿ ਸੁਜਾਣੁ ਨ ਭੁਲਈ ਸਚਾ ਵਡ ਕਿਰਸਾਣੁ ॥ ਪਹਿਲਾ ਧਰਤੀ ਸਾਧਿ ਕੈ ਸਚੁ ਨਾਮੁ ਦੇ ਦਾਣੁ ॥ ਨਉ ਨਿਧਿ ਉਪਜੈ ਨਾਮੁ ਏਕੁ ਕਰਮਿ ਪਵੈ ਨੀਸਾਣੁ ॥੨॥ ਗੁਰ ਕਉ ਜਾਣਿ ਨ ਜਾਣਈ ਕਿਆ ਤਿਸੁ ਚਜੁ ਅਚਾਰੁ ॥ ਅੰਧੁਲੈ ਨਾਮੁ ਵਿਸਾਰਿਆ ਮਨਮੁਖਿ ਅੰਧ ਗੁਬਾਰੁ ॥ ਆਵਣੁ ਜਾਣੁ ਨ ਚੁਕਈ ਮਰਿ ਜਨਮੈ ਹੋਇ ਖੁਆਰੁ ॥੩॥ ਚੰਦਨੁ ਮੋਲਿ ਅਣਾਇਆ ਕੁੰਗੂ ਮਾਂਗ ਸੰਧੂਰੁ ॥ ਚੋਆ ਚੰਦਨੁ ਬਹੁ ਘਣਾ ਪਾਨਾ ਨਾਲਿ ਕਪੂਰੁ ॥ ਜੇ ਧਨ ਕੰਤਿ ਨ ਭਾਵਈ ਤ ਸਭਿ ਅਡੰਬਰ ਕੂੜੁ ॥੪॥ ਸਭਿ ਰਸ ਭੋਗਣ ਬਾਦਿ ਹਹਿ ਸਭਿ ਸੀਗਾਰ ਵਿਕਾਰ ॥ ਜਬ ਲਗੁ ਸਬਦਿ ਨ ਭੇਦੀਐ ਕਿਉ ਸੋਹੈ ਗੁਰਦੁਆਰਿ ॥ ਨਾਨਕ ਧੰਨੁ ਸੁਹਾਗਣੀ ਜਿਨ ਸਹ ਨਾਲਿ ਪਿਆਰੁ ॥੫॥੧੩॥ ਸਿਰੀਰਾਗੁ ਮਹਲਾ ੧ ॥ ਸੁੰਞੀ ਦੇਹ ਡਰਾਵਣੀ ਜਾ ਜੀਉ ਵਿਚਹੁ ਜਾਇ ॥ ਭਾਹਿ ਬਲੰਦੀ ਵਿਝਵੀ ਧੂਉ ਨ ਨਿਕਸਿਓ ਕਾਇ ॥ ਪੰਚੇ ਰੁੰਨੇ ਦੁਖਿ ਭਰੇ ਬਿਨਸੇ ਦੂਜੈ ਭਾਇ ॥੧॥ ਮੂੜੇ ਰਾਮੁ ਜਪਹੁ ਗੁਣ ਸਾਰਿ ॥ ਹਉਮੈ ਮਮਤਾ ਮੋਹਣੀ ਸਭ ਮੁਠੀ ਅਹੰਕਾਰਿ ॥੧॥ ਰਹਾਉ ॥ ਜਿਨੀ ਨਾਮੁ ਵਿਸਾਰਿਆ ਦੂਜੀ ਕਾਰੈ ਲਗਿ ॥ ਦੁਬਿਧਾ ਲਾਗੇ ਪਚਿ ਮੁਏ ਅੰਤਰਿ ਤ੍ਰਿਸਨਾ ਅਗਿ ॥ ਗੁਰਿ ਰਾਖੇ ਸੇ ਉਬਰੇ ਹੋਰਿ ਮੁਠੀ ਧੰਧੈ ਠਗਿ ॥੨॥ ਮੁਈ ਪਰੀਤਿ ਪਿਆਰੁ ਗਇਆ ਮੁਆ ਵੈਰੁ ਵਿਰੋਧੁ ॥ ਧੰਧਾ ਥਕਾ

ਹਉ ਮੁਈ ਮਮਤਾ ਮਾਇਆ ਕ੍ਰੋਧੁ ॥ ਕਰਮਿ ਮਿਲੈ ਸਚੁ ਪਾਈਐ ਗੁਰਮੁਖਿ ਸਦਾ ਨਿਰੋਧੁ ॥੩॥ ਸਚੀ ਕਾਰੈ ਸਚੁ ਮਿਲੈ ਗੁਰਮਤਿ ਪਲੈ ਪਾਇ ॥ ਸੋ ਨਰੁ ਜੰਮੈ ਨਾ ਮਰੈ ਨਾ ਆਵੈ ਨਾ ਜਾਇ ॥ ਨਾਨਕ ਦਰਿ ਪਰਧਾਨੁ ਸੋ ਦਰਗਹਿ ਪੈਧਾ ਜਾਇ ॥੪॥੧੪॥

ਸਿਰੀਰਾਗੁ ਮਹਲ ੧ ॥ ਤਨੁ ਜਲਿ ਬਲਿ ਮਾਟੀ ਭਇਆ ਮਨੁ ਮਾਇਆ ਮੋਹਿ ਮਨੂਰੁ ॥ ਅਉਗਣ ਫਿਰਿ ਲਾਗੂ ਭਏ ਕੂਰਿ ਵਜਾਵੈ ਤੂਰੁ ॥ ਬਿਨੁ ਸਬਦੈ ਭਰਮਾਈਐ ਦੁਬਿਧਾ ਡੋਬੇ ਪੂਰੁ ॥੧॥ ਮਨ ਰੇ ਸਬਦਿ ਤਰਹੁ ਚਿਤੁ ਲਾਇ ॥ ਜਿਨਿ ਗੁਰਮੁਖਿ ਨਾਮੁ ਨ ਬੂਝਿਆ ਮਰਿ ਜਨਮੈ ਆਵੈ ਜਾਇ ॥੧॥ ਰਹਾਉ ॥ ਤਨੁ ਸੂਚਾ ਸੋ ਆਖੀਐ ਜਿਸੁ ਮਹਿ ਸਾਚਾ ਨਾਉ ॥ ਭੈ ਸਚਿ ਰਾਤੀ ਦੇਹੁਰੀ ਜਿਹਵਾ ਸਚੁ ਸੁਆਉ ॥ ਸਚੀ ਨਦਰਿ ਨਿਹਾਲੀਐ ਬਹੁੜਿ ਨ ਪਾਵੈ ਤਾਉ ॥ ੨॥ ਸਾਚੇ ਤੇ ਪਵਨਾ ਭਇਆ ਪਵਨੈ ਤੇ ਜਲੁ ਹੋਇ ॥ ਜਲ ਤੇ ਤ੍ਰਿਭਵਣੁ ਸਾਜਿਆ ਘਟਿ ਘਟਿ ਜੋਤਿ ਸਮੋਇ ॥ ਨਿਰਮਲੁ ਮੈਲਾ ਨਾ ਥੀਐ ਸਬਦਿ ਰਤੇ ਪਤਿ ਹੋਇ ॥੩॥ ਇਹੁ ਮਨੁ ਸਾਚਿ ਸੰਤੋਖਿਆ ਨਦਰਿ ਕਰੇ ਤਿਸੁ ਮਾਹਿ ॥ ਪੰਚ ਭੂਤ ਸਚਿ ਭੈ ਰਤੇ ਜੋਤਿ ਸਚੀ ਮਨ ਮਾਹਿ ॥ ਨਾਨਕ ਅਉਗਣ ਵੀਸਰੇ ਗੁਰਿ ਰਾਖੇ ਪਤਿ ਤਾਹਿ ॥੪॥੧੫॥ ਸਿਰੀਰਾਗੁ ਮਹਲਾ ੧ ॥ ਨਾਨਕ ਬੇੜੀ ਸਚ ਕੀ ਤਰੀਐ ਗੁਰ ਵੀਚਾਰਿ ॥ ਇਕਿ ਆਵਹਿ ਇਕਿ ਜਾਵਹੀ ਪੂਰਿ ਭਰੇ ਅਹੰਕਾਰਿ ॥ ਮਨਹਠਿ ਮਤੀ ਬੂਡੀਐ ਗੁਰਮੁਖਿ ਸਚੁ ਸੁ ਤਾਰਿ ॥੧॥ ਗੁਰ ਬਿਨੁ ਕਿਉ ਤਰੀਐ ਸੁਖੁ ਹੋਇ ॥ ਜਿਉ ਭਾਵੈ ਤਿਉ ਰਾਖੁ ਤੂ ਮੈ ਅਵਰੁ ਨ ਦੂਜਾ ਕੋਇ ॥੧॥ ਰਹਾਉ ॥ ਆਗੈ ਦੇਖਉ ਡਉ ਜਲੈ ਪਾਛੈ ਹਰਿਓ ਅੰਗੂਰੁ ॥ ਜਿਸ ਤੇ ਉਪਜੈ ਤਿਸ ਤੇ ਬਿਨਸੈ ਘਟਿ ਘਟਿ ਸਚੁ ਭਰਪੂਰਿ ॥ ਆਪੇ ਮੇਲਿ ਮਿਲਾਵਹੀ ਸਾਚੈ ਮਹਲਿ ਹਦੂਰਿ ॥੨॥ ਸਾਹਿ ਸਾਹਿ ਤੁਝੁ ਸੰਮਲਾ ਕਦੇ ਨ ਵਿਸਾਰੇਉ ॥ ਜਿਉ ਜਿਉ ਸਾਹਬੁ ਮਨਿ ਵਸੈ ਗੁਰਮੁਖਿ ਅੰਮ੍ਰਿਤੁ ਪੇਉ ॥ ਮਨੁ ਤਨੁ ਤੇਰਾ ਤੂ ਧਣੀ ਗਰਬੁ ਨਿਵਾਰਿ ਸਮੇਉ ॥੩॥ ਜਿਨਿ ਏਹੁ ਜਗਤੁ ਉਪਾਇਆ ਤ੍ਰਿਭਵਣੁ ਕਰਿ ਆਕਾਰੁ ॥ ਗੁਰਮੁਖਿ ਚਾਨਣੁ ਜਾਣੀਐ ਮਨਮੁਖਿ ਮੁਗਧੁ ਗੁਬਾਰੁ ॥ ਘਟਿ ਘਟਿ ਜੋਤਿ ਨਿਰੰਤਰੀ ਬੂਝੈ ਗੁਰਮਤਿ ਸਾਰੁ ॥੪॥ ਗੁਰਮੁਖਿ ਜਿਨੀ ਜਾਣਿਆ ਤਿਨ ਕੀਚੈ ਸਾਬਾਸਿ ॥ ਸਚੇ ਸੇਤੀ ਰਲਿ ਮਿਲੇ ਸਚੇ ਗੁਣ ਪਰਗਾਸਿ ॥ ਨਾਨਕ ਨਾਮਿ ਸੰਤੋਖੀਆ ਜੀਉ ਪਿੰਡੁ ਪ੍ਰਭ ਪਾਸਿ ॥੫॥੧੬॥ ਸਿਰੀਰਾਗੁ ਮਹਲਾ ੧ ॥ ਸੁਣਿ ਮਨ ਮਿਤ੍ਰ ਪਿਆਰਿਆ ਮਿਲੁ ਵੇਲਾ ਹੈ ਇਹ

॥ ਜਬ ਲਗੁ ਜੋਬਨਿ ਸਾਸੁ ਹੈ ਤਬ ਲਗੁ ਇਹੁ ਤਨੁ ਦੇਹ ॥ ਬਿਨੁ ਗੁਣ ਕਾਮਿ ਨ ਆਵਈ ਢਹਿ ਢੇਰੀ ਤਨੁ ਖੇਹ ॥੧॥ ਮੇਰੇ ਮਨ ਲੈ ਲਾਹਾ ਘਰਿ ਜਾਹਿ ॥ ਗੁਰਮੁਖਿ ਨਾਮੁ ਸਲਾਹੀਐ ਹਉਮੈ ਨਿਵਰੀ ਭਾਹਿ ॥੧॥ ਰਹਾਉ ॥ ਸੁਣਿ ਸੁਣਿ ਗੰਢਣੁ ਗੰਢੀਐ ਲਿਖਿ ਪੜਿ ਬੁਝਹਿ ਭਾਰੁ ॥ ਤ੍ਰਿਸਨਾ ਅਹਿਨਿਸਿ ਅਗਲੀ ਹਉਮੈ ਰੋਗੁ ਵਿਕਾਰੁ ॥ ਓਹੁ ਵੇਪਰਵਾਹੁ ਅਤੋਲਵਾ ਗੁਰਮਤਿ ਕੀਮਤਿ ਸਾਰੁ ॥੨॥ ਲਖ ਸਿਆਣਪ ਜੇ ਕਰੀ ਲਖ ਸਿਉ ਪ੍ਰੀਤਿ ਮਿਲਾਪੁ ॥ ਬਿਨੁ ਸੰਗਤਿ ਸਾਧ ਨ ਧ੍ਰਾਪੀਆ ਬਿਨੁ ਨਾਵੈ ਦੂਖ ਸੰਤਾਪੁ ॥ ਹਰਿ ਜਪਿ ਜੀਅਰੇ ਛੁਟੀਐ ਗੁਰਮੁਖਿ ਚੀਨੈ ਆਪੁ ॥੩॥ ਤਨੁ ਮਨੁ ਗੁਰ ਪਹਿ ਵੇਚਿਆ ਮਨੁ ਦੀਆ ਸਿਰੁ ਨਾਲਿ ॥ ਤ੍ਰਿਭਵਣੁ ਖੋਜਿ ਢੰਢੋਲਿਆ ਗੁਰਮੁਖਿ ਖੋਜਿ ਨਿਹਾਲਿ ॥ ਸਤਗੁਰਿ ਮੇਲਿ ਮਿਲਾਇਆ ਨਾਨਕ ਸੋ ਪ੍ਰਭੁ ਨਾਲਿ ॥੪॥੧੭॥

ਸਿਰੀਰਾਗੁ ਮਹਲਾ ੧ ॥ ਮਰਣੈ ਕੀ ਚਿੰਤਾ ਨਹੀ ਜੀਵਣ ਕੀ ਨਹੀ ਆਸ ॥ ਤੂ ਸਰਬ ਜੀਆ ਪ੍ਰਤਿਪਾਲਹੀ ਲੇਖੈ ਸਾਸ ਗਿਰਾਸ ॥ ਅੰਤਰਿ ਗੁਰਮੁਖਿ ਤੂ ਵਸਹਿ ਜਿਉ ਭਾਵੈ ਤਿਉ ਨਿਰਜਾਸਿ ॥੧॥ ਜੀਅਰੇ ਰਾਮ ਜਪਤ ਮਨੁ ਮਾਨੁ ॥ ਅੰਤਰਿ ਲਾਗੀ ਜਲਿ ਬੁਝੀ ਪਾਇਆ ਗੁਰਮੁਖਿ ਗਿਆਨੁ ॥੧॥ ਰਹਾਉ ॥ ਅੰਤਰ ਕੀ ਗਤਿ ਜਾਣੀਐ ਗੁਰ ਮਿਲੀਐ ਸੰਕ ਉਤਾਰਿ ॥ ਮੁਇਆ ਜਿਤੁ ਘਰਿ ਜਾਈਐ ਤਿਤੁ ਜੀਵਦਿਆ ਮਰੁ ਮਾਰਿ ॥ ਅਨਹਦ ਸਬਦਿ ਸੁਹਾਵਣੇ ਪਾਈਐ ਗੁਰ ਵੀਚਾਰਿ ॥੨॥ ਅਨਹਦ ਬਾਣੀ ਪਾਈਐ ਤਹ ਹਉਮੈ ਹੋਇ ਬਿਨਾਸੁ ॥ ਸਤਗੁਰੁ ਸੇਵੇ ਆਪਣਾ ਹਉ ਸਦ ਕੁਰਬਾਣੈ ਤਾਸੁ ॥ ਖੜਿ ਦਰਗਹ ਪੈਨਾਈਐ ਮੁਖਿ ਹਰਿ ਨਾਮ ਨਿਵਾਸੁ ॥੩॥ ਜਹ ਦੇਖਾ ਤਹ ਰਵਿ ਰਹੇ ਸਿਵ ਸਕਤੀ ਕਾ ਮੇਲੁ ॥ ਤ੍ਰਿਹੁ ਗੁਣ ਬੰਧੀ ਦੇਹੁਰੀ ਜੋ ਆਇਆ ਜਗਿ ਸੋ ਖੇਲੁ ॥ ਵਿਜੋਗੀ ਦੁਖਿ ਵਿਛੁੜੇ ਮਨਮੁਖਿ ਲਹਹਿ ਨ ਮੇਲੁ ॥੪॥ ਮਨੁ ਬੈਰਾਗੀ ਘਰਿ ਵਸੈ ਸਚ ਭੈ ਰਾਤਾ ਹੋਇ ॥ ਗਿਆਨ ਮਹਾਰਸੁ ਭੋਗਵੈ ਬਾਹੁੜਿ ਭੂਖ ਨ ਹੋਇ ॥ ਨਾਨਕ ਇਹੁ ਮਨੁ ਮਾਰਿ ਮਿਲੁ ਭੀ ਫਿਰਿ ਦੁਖੁ ਨ ਹੋਇ ॥੫॥੧੮॥ ਸਿਰੀਰਾਗੁ ਮਹਲਾ ੧ ॥ ਏਹੁ ਮਨੋ ਮੂਰਖੁ ਲੋਭੀਆ ਲੋਭੇ ਲਗਾ ਲੋੁਭਾਨੁ ॥ ਸਬਦਿ ਨ ਭੀਜੈ ਸਾਕਤਾ ਦੁਰਮਤਿ ਆਵਨੁ ਜਾਨੁ ॥ ਸਾਧੂ ਸਤਗੁਰੁ ਜੇ ਮਿਲੈ ਤਾ ਪਾਈਐ ਗੁਣੀ ਨਿਧਾਨੁ ॥੧॥ ਮਨ ਰੇ ਹਉਮੈ ਛੋਡਿ ਗੁਮਾਨੁ ॥ ਹਰਿ ਗੁਰੁ ਸਰਵਰੁ ਸੇਵਿ ਤੂ ਪਾਵਹਿ ਦਰਗਹ ਮਾਨੁ ॥੧॥ ਰਹਾਉ ॥ ਰਾਮ ਨਾਮੁ ਜਪਿ ਦਿਨਸੁ ਰਾਤਿ

ਗੁਰਮੁਖਿ ਹਰਿ ਧਨੁ ਜਾਨੁ ॥ ਸਭਿ ਸੁਖ ਹਰਿ ਰਸ ਭੋਗਣੇ ਸੰਤ ਸਭਾ ਮਿਲਿ ਗਿਆਨੁ ॥ ਨਿਤਿ ਅਹਿਨਿਸਿ ਹਰਿ ਪ੍ਰਭੁ ਸੇਵਿਆ ਸਤਗੁਰਿ ਦੀਆ ਨਾਮੁ ॥੨॥ ਕੂਕਰ ਕੂੜੁ ਕਮਾਈਐ ਗੁਰ ਨਿੰਦਾ ਪਚੈ ਪਚਾਨੁ ॥ ਭਰਮੇ ਭੂਲਾ ਦੁਖੁ ਘਣੋ ਜਮੁ ਮਾਰਿ ਕਰੈ ਖੁਲਹਾਨੁ ॥ ਮਨਮੁਖਿ ਸੁਖੁ ਨ ਪਾਈਐ ਗੁਰਮੁਖਿ ਸੁਖੁ ਸੁਭਾਨੁ ॥੩॥ ਐਥੈ ਧੰਧੁ ਪਿਟਾਈਐ ਸਚੁ ਲਿਖਤੁ ਪਰਵਾਨੁ ॥ ਹਰਿ ਸਜਣੁ ਗੁਰੁ ਸੇਵਦਾ ਗੁਰ ਕਰਣੀ ਪਰਧਾਨੁ ॥ ਨਾਨਕ ਨਾਮੁ ਨ ਵੀਸਰੈ ਕਰਮਿ ਸਚੈ ਨੀਸਾਣੁ ॥੪॥੧੯॥ ਸਿਰੀਰਾਗੁ ਮਹਲਾ ੧ ॥ ਇਕੁ ਤਿਲੁ ਪਿਆਰਾ ਵੀਸਰੈ ਰੋਗੁ ਵਡਾ ਮਨ ਮਾਹਿ ॥ ਕਿਉ ਦਰਗਹ ਪਤਿ ਪਾਈਐ ਜਾ ਹਰਿ ਨ ਵਸੈ ਮਨ ਮਾਹਿ ॥ ਗੁਰਿ ਮਿਲਿਐ ਸੁਖੁ ਪਾਈਐ ਅਗਨਿ ਮਰੈ ਗੁਣ ਮਾਹਿ ॥੧॥ ਮਨ ਰੇ ਅਹਿਨਿਸਿ ਹਰਿ ਗੁਣ ਸਾਰਿ ॥ ਜਿਨ ਖਿਨੁ ਪਲੁ ਨਾਮੁ ਨ ਵੀਸਰੈ ਤੇ ਜਨ ਵਿਰਲੇ ਸੰਸਾਰਿ ॥੧॥ ਰਹਾਉ ॥ ਜੋਤੀ ਜੋਤਿ ਮਿਲਾਈਐ ਸੁਰਤੀ ਸੁਰਤਿ ਸੰਜੋਗੁ ॥ ਹਿੰਸਾ ਹਉਮੈ ਗਤੁ ਗਏ ਨਾਹੀ ਸਹਸਾ ਸੋਗੁ ॥ ਗੁਰਮੁਖਿ ਜਿਸੁ ਹਰਿ ਮਨਿ ਵਸੈ ਤਿਸੁ ਮੇਲੇ ਗੁਰੁ ਸੰਜੋਗੁ ॥੨॥ ਕਾਇਆ ਕਾਮਣਿ ਜੇ ਕਰੀ ਭੋਗੇ ਭੋਗਣਹਾਰੁ ॥ ਤਿਸੁ ਸਿਉ ਨੇਹੁ ਨ ਕੀਜਈ ਜੋ ਦੀਸੈ ਚਲਣਹਾਰੁ ॥ ਗੁਰਮੁਖਿ ਰਵਹਿ ਸੋਹਾਗਣੀ ਸੋ ਪ੍ਰਭੁ ਸੇਜ ਭਤਾਰੁ ॥੩॥ ਚਾਰੇ ਅਗਨਿ ਨਿਵਾਰਿ ਮਰੁ ਗੁਰਮੁਖਿ ਹਰਿ ਜਲੁ ਪਾਇ ॥ ਅੰਤਰਿ ਕਮਲੁ ਪ੍ਰਗਾਸਿਆ ਅੰਮ੍ਰਿਤੁ ਭਰਿਆ ਅਘਾਇ ॥ ਨਾਨਕ ਸਤਗੁਰੁ ਮੀਤੁ ਕਰਿ ਸਚੁ ਪਾਵਹਿ ਦਰਗਹ ਜਾਇ ॥੪॥੨੦॥ ਸਿਰੀਰਾਗੁ ਮਹਲਾ ੧ ॥ ਹਰਿ ਹਰਿ ਜਪਹੁ ਪਿਆਰਿਆ ਗੁਰਮਤਿ ਲੇ ਹਰਿ ਬੋਲਿ ॥ ਮਨੁ ਸਚ ਕਸਵਟੀ ਲਾਈਐ ਤੁਲੀਐ ਪੂਰੈ ਤੋਲਿ ॥ ਕੀਮਤਿ ਕਿਨੈ ਨ ਪਾਈਐ ਰਿਦ ਮਾਣਕ ਮੋਲਿ ਅਮੋਲਿ ॥੧॥ ਭਾਈ ਰੇ ਹਰਿ ਹੀਰਾ ਗੁਰ ਮਾਹਿ ॥ ਸਤਸੰਗਤਿ ਸਤਗੁਰੁ ਪਾਈਐ ਅਹਿਨਿਸਿ ਸਬਦਿ ਸਲਾਹਿ ॥੧॥ ਰਹਾਉ ॥ ਸਚੁ ਵਖਰੁ ਧਨੁ ਰਾਸਿ ਲੈ ਪਾਈਐ ਗੁਰ ਪਰਗਾਸਿ ॥ ਜਿਉ ਅਗਨਿ ਮਰੈ ਜਲਿ ਪਾਇਐ ਤਿਉ ਤ੍ਰਿਸਨਾ ਦਾਸਨਿ ਦਾਸਿ ॥ ਜਮ ਜੰਦਾਰੁ ਨ ਲਗਈ ਇਉ ਭਉਜਲੁ ਤਰੈ ਤਰਾਸਿ ॥੨॥ ਗੁਰਮੁਖਿ ਕੂੜੁ ਨ ਭਾਵਈ ਸਚਿ ਰਤੇ ਸਚ ਭਾਇ ॥ ਸਾਕਤ ਸਚੁ ਨ ਭਾਵਈ ਕੂੜੈ ਕੂੜੀ ਪਾਂਇ ॥ ਸਚਿ ਰਤੇ ਗੁਰਿ ਮੇਲਿਐ ਸਚੇ ਸਚਿ ਸਮਾਇ ॥੩॥ ਮਨ ਮਹਿ ਮਾਣਕੁ ਲਾਲੁ ਨਾਮੁ ਰਤਨੁ ਪਦਾਰਥੁ ਹੀਰੁ ॥ ਸਚੁ ਵਖਰੁ ਧਨੁ ਨਾਮੁ ਹੈ ਘਟਿ ਘਟਿ ਗਹਿਰ ਗੰਭੀਰੁ ॥ ਨਾਨਕ ਗੁਰਮੁਖਿ

ਪਾਈਐ ਦਇਆ ਕਰੇ ਹਰਿ ਹੀਰੁ ॥੪॥੨੧॥ ਸਿਰੀਰਾਗੁ ਮਹਲਾ ੧ ॥ ਭਰਮੇ ਭਾਹਿ ਨ ਵਿਝਵੈ ਜੇ ਭਵੈ ਦਿਸੰਤਰ ਦੇਸੁ ॥ ਅੰਤਰਿ ਮੈਲੁ ਨ ਉਤਰੈ ਧ੍ਰਿਗੁ ਜੀਵਣੁ ਧ੍ਰਿਗੁ ਵੇਸੁ ॥ ਹੋਰੁ ਕਿਤੈ ਭਗਤਿ ਨ ਹੋਵਈ ਬਿਨੁ ਸਤਿਗੁਰ ਕੇ ਉਪਦੇਸ ॥੧॥ ਮਨ ਰੇ ਗੁਰਮੁਖਿ ਅਗਨਿ ਨਿਵਾਰਿ ॥ ਗੁਰ ਕਾ ਕਹਿਆ ਮਨਿ ਵਸੈ ਹਉਮੈ ਤ੍ਰਿਸਨਾ ਮਾਰਿ ॥੧॥ ਰਹਾਉ ॥ ਮਨੁ ਮਾਣਕੁ ਨਿਰਮੋਲੁ ਹੈ ਰਾਮ ਨਾਮਿ ਪਤਿ ਪਾਇ ॥ ਮਿਲਿ ਸਤਸੰਗਤਿ ਹਰਿ ਪਾਈਐ ਗੁਰਮੁਖਿ ਹਰਿ ਲਿਵ ਲਾਇ ॥ ਆਪੁ ਗਇਆ ਸੁਖੁ ਪਾਇਆ ਮਿਲਿ ਸਲਲੈ ਸਲਲ ਸਮਾਇ ॥੨॥ ਜਿਨਿ ਹਰਿ ਹਰਿ ਨਾਮੁ ਨ ਚੇਤਿਓ ਸੁ ਅਉਗੁਣਿ ਆਵੈ ਜਾਇ ॥ ਜਿਸੁ ਸਤਗੁਰੁ ਪੁਰਖੁ ਨ ਭੇਟਿਓ ਸੁ ਭਉਜਲਿ ਪਚੈ ਪਚਾਇ ॥ ਇਹੁ ਮਾਣਕੁ ਜੀਉ ਨਿਰਮੋਲੁ ਹੈ ਇਉ ਕਉਡੀ ਬਦਲੈ ਜਾਇ ॥੩॥ ਜਿੰਨਾ ਸਤਗੁਰੁ ਰਸਿ ਮਿਲੈ ਸੇ ਪੂਰੇ ਪੁਰਖ ਸੁਜਾਣ ॥ ਗੁਰ ਮਿਲਿ ਭਉਜਲੁ ਲੰਘੀਐ ਦਰਗਹ ਪਤਿ ਪਰਵਾਣੁ ॥ ਨਾਨਕ ਤੇ ਮੁਖ ਉਜਲੇ ਧੁਨਿ ਉਪਜੈ ਸਬਦੁ ਨੀਸਾਣੁ ॥੪॥੨੨॥

ਸਿਰੀਰਾਗੁ ਮਹਲਾ ੧ ॥ ਵਣਜੁ ਕਰਹੁ ਵਣਜਾਰਿਹੋ ਵਖਰੁ ਲੇਹੁ ਸਮਾਲਿ ॥ ਤੈਸੀ ਵਸਤੁ ਵਿਸਾਹੀਐ ਜੈਸੀ ਨਿਬਹੈ ਨਾਲਿ ॥ ਅਗੈ ਸਾਹੁ ਸੁਜਾਣੁ ਹੈ ਲੈਸੀ ਵਸਤੁ ਸਮਾਲਿ ॥੧॥ ਭਾਈ ਰੇ ਰਾਮੁ ਕਹਹੁ ਚਿਤੁ ਲਾਇ ॥ ਹਰਿ ਜਸੁ ਵਖਰੁ ਲੈ ਚਲਹੁ ਸਹੁ ਦੇਖੈ ਪਤੀਆਇ ॥੧॥ ਰਹਾਉ ॥ ਜਿਨਾ ਰਾਸਿ ਨ ਸਚੁ ਹੈ ਕਿਉ ਤਿਨਾ ਸੁਖੁ ਹੋਇ ॥ ਖੋਟੇ ਵਣਜਿ ਵਣੰਜਿਐ ਮਨੁ ਤਨੁ ਖੋਟਾ ਹੋਇ ॥ ਫਾਹੀ ਫਾਥੇ ਮਿਰਗ ਜਿਉ ਦੂਖੁ ਘਣੋ ਨਿਤ ਰੋਇ ॥੨॥ ਖੋਟੇ ਪੋਤੈ ਨਾ ਪਵਹਿ ਤਿਨ ਹਰਿ ਗੁਰ ਦਰਸੁ ਨ ਹੋਇ ॥ ਖੋਟੇ ਜਾਤਿ ਨ ਪਤਿ ਹੈ ਖੋਟਿ ਨ ਸੀਝਸਿ ਕੋਇ ॥ ਖੋਟੇ ਖੋਟੁ ਕਮਾਵਣਾ ਆਇ ਗਇਆ ਪਤਿ ਖੋਇ ॥੩॥ ਨਾਨਕ ਮਨੁ ਸਮਝਾਈਐ ਗੁਰ ਕੈ ਸਬਦਿ ਸਾਲਾਹ ॥ ਰਾਮ ਨਾਮ ਰੰਗਿ ਰਤਿਆ ਭਾਰੁ ਨ ਭਰਮੁ ਤਿਨਾਹ ॥ ਹਰਿ ਜਪਿ ਲਾਹਾ ਅਗਲਾ ਨਿਰਭਉ ਹਰਿ ਮਨ ਮਾਹ ॥੪॥੨੩॥ ਸਿਰੀਰਾਗੁ ਮਹਲਾ ੧ ਘਰੁ ੨ ॥ ਧਨੁ ਜੋਬਨੁ ਅਰੁ ਫੁਲੜਾ ਨਾਠੀਅੜੇ ਦਿਨ ਚਾਰਿ ॥ ਪਬਣਿ ਕੇਰੇ ਪਤ ਜਿਉ ਢਲਿ ਢੁਲਿ ਜੁੰਮਣਹਾਰ ॥੧॥ ਰੰਗੁ ਮਾਣਿ ਲੈ ਪਿਆਰਿਆ ਜਾ ਜੋਬਨੁ ਨਉ ਹੁਲਾ ॥ ਦਿਨ ਥੋੜੜੇ ਥਕੇ ਭਇਆ ਪੁਰਾਣਾ ਚੋਲਾ ॥੧॥ ਰਹਾਉ ॥ ਸਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ ॥ ਹੰ ਭੀ ਵੰਞਾ ਡੁਮਣੀ ਰੋਵਾ ਝੀਣੀ ਬਾਣਿ ॥੨॥ ਕੀ ਨ ਸੁਣੇਹੀ ਗੋਰੀਏ ਆਪਣ ਕੰਨੀ ਸੋਇ ॥ ਲਗੀ ਆਵਹਿ ਸਾਹੁਰੈ

ਨਿਤ ਨ ਪੇਈਆ ਹੋਇ ॥੩॥ ਨਾਨਕ ਸੁਤੀ ਪੇਈਐ ਜਾਣੁ ਵਿਰਤੀ ਸੰਨਿ ॥ ਗੁਣਾ ਗਵਾਈ ਗੰਠੜੀ ਅਵਗਣ ਚਲੀ ਬੰਨਿ ॥੪॥੨੪॥ ਸਿਰੀਰਾਗੁ ਮਹਲਾ ੧ ਘਰੁ ਦੂਜਾ ੨ ॥ ਆਪੇ ਰਸੀਆ ਆਪਿ ਰਸੁ ਆਪੇ ਰਾਵਣਹਾਰੁ ॥ ਆਪੇ ਹੋਵੈ ਚੋਲੜਾ ਆਪੇ ਸੇਜ ਭਤਾਰੁ ॥੧॥ ਰੰਗਿ ਰਤਾ ਮੇਰਾ ਸਾਹਿਬੁ ਰਵਿ ਰਹਿਆ ਭਰਪੂਰਿ ॥੧॥ ਰਹਾਉ ॥ ਆਪੇ ਮਾਛੀ ਮਛੁਲੀ ਆਪੇ ਪਾਣੀ ਜਾਲੁ ॥ ਆਪੇ ਜਾਲ ਮਣਕੜਾ ਆਪੇ ਅੰਦਰਿ ਲਾਲੁ ॥੨॥ ਆਪੇ ਬਹੁ ਬਿਧਿ ਰੰਗੁਲਾ ਸਖੀਏ ਮੇਰਾ ਲਾਲੁ ॥ ਨਿਤ ਰਵੈ ਸੋਹਾਗਣੀ ਦੇਖੁ ਹਮਾਰਾ ਹਾਲੁ ॥੩॥ ਪ੍ਰਣਵੈ ਨਾਨਕੁ ਬੇਨਤੀ ਤੂ ਸਰਵਰੁ ਤੂ ਹੰਸੁ ॥ ਕਉਲੁ ਤੂ ਹੈ ਕਵੀਆ ਤੂ ਹੈ ਆਪੇ ਵੇਖਿ ਵਿਗਸੁ ॥੪॥੨੫॥ ਸਿਰੀਰਾਗੁ ਮਹਲਾ ੧ ਘਰੁ ੩ ॥ ਇਹੁ ਤਨੁ ਧਰਤੀ ਬੀਜੁ ਕਰਮਾ ਕਰੋ ਸਲਿਲ ਆਪਾਉ ਸਾਰਿੰਗਪਾਣੀ ॥ ਮਨੁ ਕਿਰਸਾਣੁ ਹਰਿ ਰਿਦੈ ਜੰਮਾਇ ਲੈ ਇਉ ਪਾਵਸਿ ਪਦੁ ਨਿਰਬਾਣੀ ॥੧॥ ਕਾਹੇ ਗਰਬਸਿ ਮੂੜੇ ਮਾਇਆ ॥ ਪਿਤ ਸੁਤੋ ਸਗਲ ਕਾਲਤ੍ਰ ਮਾਤਾ ਤੇਰੇ ਹੋਹਿ ਨ ਅੰਤਿ ਸਖਾਇਆ ॥ ਰਹਾਉ ॥ ਬਿਖੈ ਬਿਕਾਰ ਦੁਸਟ ਕਿਰਖਾ ਕਰੇ ਇਨ ਤਜਿ ਆਤਮੈ ਹੋਇ ਧਿਆਈ ॥ ਜਪੁ ਤਪੁ ਸੰਜਮੁ ਹੋਹਿ ਜਬ ਰਾਖੇ ਕਮਲੁ ਬਿਗਸੈ ਮਧੁ ਆਸ੍ਰਮਾਈ ॥੨॥ ਬੀਸਸਪਤਾਹਰੋ ਬਾਸਰੋ ਸੰਗ੍ਰਹੈ ਤੀਨਿ ਖੋੜਾ ਨਿਤ ਕਾਲੁ ਸਾਰੈ ॥ ਦਸ ਅਠਾਰ ਮੈ ਅਪਰੰਪਰੋ ਚੀਨੈ ਕਹੈ ਨਾਨਕੁ ਇਵ ਏਕੁ ਤਾਰੈ ॥ ੩॥੨੬॥ ਸਿਰੀਰਾਗੁ ਮਹਲਾ ੧ ਘਰੁ ੩ ॥ ਅਮਲੁ ਕਰਿ ਧਰਤੀ ਬੀਜੁ ਸਬਦੋ ਕਰਿ ਸਚ ਕੀ ਆਬ ਨਿਤ ਦੇਹਿ ਪਾਣੀ ॥ ਹੋਇ ਕਿਰਸਾਣੁ ਈਮਾਨੁ ਜੰਮਾਇ ਲੈ ਭਿਸਤੁ ਦੋਜਕੁ ਮੂੜੇ ਏਵ ਜਾਣੀ ॥੧॥ ਮਤੁ ਜਾਣ ਸਹਿ ਗਲੀ ਪਾਇਆ ॥ ਮਾਲ ਕੈ ਮਾਣੈ ਰੂਪ ਕੀ ਸੋਭਾ ਇਤੁ ਬਿਧੀ ਜਨਮੁ ਗਵਾਇਆ ॥੧॥ ਰਹਾਉ ॥ ਐਬ ਤਨਿ ਚਿਕੜੋ ਇਹੁ ਮਨੁ ਮੀਡਕੋ ਕਮਲ ਕੀ ਸਾਰ ਨਹੀ ਮੂਲਿ ਪਾਈ ॥ ਭਉਰੁ ਉਸਤਾਦੁ ਨਿਤ ਭਾਖਿਆ ਬੋਲੇ ਕਿਉ ਬੂਝੈ ਜਾ ਨਹ ਬੁਝਾਈ ॥੨॥ ਆਖਣੁ ਸੁਨਣਾ ਪਉਣ ਕੀ ਬਾਣੀ ਇਹੁ ਮਨੁ ਰਤਾ ਮਾਇਆ ॥ ਖਸਮ ਕੀ ਨਦਰਿ ਦਿਲਹਿ ਪਸਿੰਦੇ ਜਿਨੀ ਕਰਿ ਏਕੁ ਧਿਆਇਆ ॥੩॥ ਤੀਹ ਕਰਿ ਰਖੇ ਪੰਜ ਕਰਿ ਸਾਥੀ ਨਾਉ ਸੈਤਾਨੁ ਮਤੁ ਕਟਿ ਜਾਈ ॥ ਨਾਨਕੁ ਆਖੈ ਰਾਹਿ ਪੈ ਚਲਣਾ ਮਾਲੁ ਧਨੁ ਕਿਤ ਕੂ ਸੰਜਿਆਹੀ ॥੪॥੨੭॥ ਸਿਰੀਰਾਗੁ ਮਹਲਾ ੧ ਘਰੁ ੪ ॥ ਸੋਈ ਮਉਲਾ ਜਿਨਿ ਜਗੁ ਮਉਲਿਆ ਹਰਿਆ ਕੀਆ ਸੰਸਾਰੋ ॥ ਆਬ ਖਾਕੁ ਜਿਨਿ ਬੰਧਿ ਰਹਾਈ ਧੰਨੁ ਸਿਰਜਣਹਾਰੋ

॥੧॥ ਮਰਣਾ ਮੁਲਾ ਮਰਣਾ ॥ ਭੀ ਕਰਤਾਰਹੁ ਡਰਣਾ ॥੧॥ ਰਹਾਉ ॥ ਤਾ ਤੂ ਮੁਲਾ ਤਾ ਤੂ ਕਾਜੀ ਜਾਣਹਿ ਨਾਮੁ ਖੁਦਾਈ ॥ ਜੇ ਬਹੁਤੇਰਾ ਪੜਿਆ ਹੋਵਹਿ ਕੋ ਰਹੈ ਨ ਭਰੀਐ ਪਾਈ ॥੨॥ ਸੋਈ ਕਾਜੀ ਜਿਨਿ ਆਪੁ ਤਜਿਆ ਇਕੁ ਨਾਮੁ ਕੀਆ ਆਧਾਰੋ ॥ ਹੈ ਭੀ ਹੋਸੀ ਜਾਇ ਨ ਜਾਸੀ ਸਚਾ ਸਿਰਜਣਹਾਰੋ ॥੩॥ ਪੰਜ ਵਖਤ ਨਿਵਾਜ ਗੁਜਾਰਹਿ ਪੜਹਿ ਕਤੇਬ ਕੁਰਾਣਾ ॥ ਨਾਨਕੁ ਆਖੈ ਗੋਰ ਸਦੇਈ ਰਹਿਓ ਪੀਣਾ ਖਾਣਾ ॥੪॥੨੮॥

ਸਿਰੀਰਾਗੁ ਮਹਲਾ ੧ ਘਰੁ ੪ ॥ ਏਕੁ ਸੁਆਨੁ ਦੁਇ ਸੁਆਨੀ ਨਾਲਿ ॥ ਭਲਕੇ ਭਉਕਹਿ ਸਦਾ ਬਇਆਲਿ ॥ ਕੂੜੁ ਛੁਰਾ ਮੁਠਾ ਮੁਰਦਾਰੁ ॥ ਧਾਣਕ ਰੂਪਿ ਰਹਾ ਕਰਤਾਰ ॥੨॥ ਮੈ ਪਤਿ ਕੀ ਪੰਦਿ ਨ ਕਰਣੀ ਕੀ ਕਾਰ ॥ ਹਉ ਬਿਗੜੈ ਰੂਪਿ ਰਹਾ ਬਿਕਰਾਲ ॥ ਤੇਰਾ ਏਕੁ ਨਾਮੁ ਤਾਰੇ ਸੰਸਾਰੁ ॥ ਮੈ ਏਹਾ ਆਸ ਏਹੋ ਆਧਾਰੁ ॥੧॥ ਰਹਾਉ ॥ ਮੁਖਿ ਨਿੰਦਾ ਆਖਾ ਦਿਨੁ ਰਾਤਿ ॥ ਪਰ ਘਰੁ ਜੋਹੀ ਨੀਚ ਸਨਾਤਿ ॥ ਕਾਮੁ ਕ੍ਰੋਧੁ ਤਨਿ ਵਸਹਿ ਚੰਡਾਲ ॥ ਧਾਣਕ ਰੂਪਿ ਰਹਾ ਕਰਤਾਰ ॥੨॥ ਫਾਹੀ ਸੁਰਤਿ ਮਲੂਕੀ ਵੇਸੁ ॥ ਹਉ ਠਗਵਾੜਾ ਠਗੀ ਦੇਸੁ ॥ ਖਰਾ ਸਿਆਣਾ ਬਹੁਤਾ ਭਾਰੁ ॥ ਧਾਣਕ ਰੂਪਿ ਰਹਾ ਕਰਤਾਰ ॥੩॥ ਮੈ ਕੀਤਾ ਨ ਜਾਤਾ ਹਰਾਮਖੋਰੁ ॥ ਹਉ ਕਿਆ ਮੁਹੁ ਦੇਸਾ ਦੁਸਟੁ ਚੋਰੁ ॥ ਨਾਨਕੁ ਨੀਚੁ ਕਹੈ ਬੀਚਾਰੁ ॥ ਧਾਣਕ ਰੂਪਿ ਰਹਾ ਕਰਤਾਰ ॥੪॥੨੯॥ ਸਿਰੀਰਾਗੁ ਮਹਲਾ ੧ ਘਰੁ ੪ ॥ ਏਕਾ ਸੁਰਤਿ ਜੇਤੇ ਹੈ ਜੀਅ ॥ ਸੁਰਤਿ ਵਿਹੂਣਾ ਕੋਇ ਨ ਕੀਅ ॥ ਜੇਹੀ ਸੁਰਤਿ ਤੇਹਾ ਤਿਨ ਰਾਹੁ ॥ ਲੇਖਾ ਇਕੋ ਆਵਹੁ ਜਾਹੁ ॥੧॥ ਕਾਹੇ ਜੀਅ ਕਰਹਿ ਚਤੁਰਾਈ ॥ ਲੇਵੈ ਦੇਵੈ ਢਿਲ ਨ ਪਾਈ ॥੧॥ ਰਹਾਉ ॥ ਤੇਰੇ ਜੀਅ ਜੀਆ ਕਾ ਤੋਹਿ ॥ ਕਿਤ ਕਉ ਸਾਹਿਬ ਆਵਹਿ ਰੋਹਿ ॥ ਜੇ ਤੂ ਸਾਹਿਬ ਆਵਹਿ ਰੋਹਿ ॥ ਤੂ ਓਨਾ ਕਾ ਤੇਰੇ ਓਹਿ ॥੨॥ ਅਸੀ ਬੋਲਵਿਗਾੜ ਵਿਗਾੜਹ ਬੋਲ ॥ ਤੂ ਨਦਰੀ ਅੰਦਰਿ ਤੋਲਹਿ ਤੋਲ ॥ ਜਹ ਕਰਣੀ ਤਹ ਪੂਰੀ ਮਤਿ ॥ ਕਰਣੀ ਬਾਝਹੁ ਘਟੇ ਘਟਿ ॥੩॥ ਪ੍ਰਣਵਤਿ ਨਾਨਕ ਗਿਆਨੀ ਕੈਸਾ ਹੋਇ ॥ ਆਪੁ ਪਛਾਣੈ ਬੂਝੈ ਸੋਇ ॥ ਗੁਰ ਪਰਸਾਦਿ ਕਰੇ ਬੀਚਾਰੁ ॥ ਸੋ ਗਿਆਨੀ ਦਰਗਹ ਪਰਵਾਣੁ ॥੪॥੩●॥ ਸਿਰੀਰਾਗੁ ਮਹਲਾ ੧ ਘਰੁ ੪ ॥ ਤੂ ਦਰੀਆਉ ਦਾਨਾ ਬੀਨਾ ਮੈ ਮਛੁਲੀ ਕੈਸੇ ਅੰਤੁ ਲਹਾ ॥ ਜਹ ਜਹ ਦੇਖਾ ਤਹ ਤਹ ਤੂ ਹੈ ਤੁਝ ਤੇ ਨਿਕਸੀ ਫੂਟਿ ਮਰਾ ॥੧॥ ਨ

ਜਾਣਾ ਮੇਉ ਨ ਜਾਣਾ ਜਾਲੀ ॥ ਜਾ ਦੁਖੁ ਲਾਗੈ ਤਾ ਤੁਝੈ ਸਮਾਲੀ ॥੧॥ ਰਹਾਉ ॥ ਤੂ ਭਰਪੂਰਿ ਜਾਨਿਆ ਮੈ ਦੂਰਿ ॥ ਜੋ ਕਛੁ ਕਰੀ ਸੁ ਤੇਰੈ ਹਦੂਰਿ ॥ ਤੂ ਦੇਖਹਿ ਹਉ ਮੁਕਰਿ ਪਾਉ ॥ ਤੇਰੈ ਕੰਮਿ ਨ ਤੇਰੈ ਨਾਇ ॥੨॥ ਜੇਤਾ ਦੇਹਿ ਤੇਤਾ ਹਉ ਖਾਉ ॥ ਬਿਆ ਦਰੁ ਨਾਹੀ ਕੈ ਦਰਿ ਜਾਉ ॥ ਨਾਨਕੁ ਏਕ ਕਹੈ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੈ ਪਾਸਿ ॥੩॥ ਆਪੇ ਨੇੜੈ ਦੂਰਿ ਆਪੇ ਹੀ ਆਪੇ ਮੰਝਿ ਮਿਆਨੋ ॥ ਆਪੇ ਵੇਖੈ ਸੁਣੇ ਆਪੇ ਹੀ ਕੁਦਰਤਿ ਕਰੇ ਜਹਾਨੋ ॥ ਜੋ ਤਿਸੁ ਭਾਵੈ ਨਾਨਕਾ ਹੁਕਮੁ ਸੋਈ ਪਰਵਾਨੋ ॥੪॥੩੧॥

ਸਿਰੀਰਾਗੁ ਮਹਲਾ ੧ ਘਰੁ ੪ ॥ ਕੀਤਾ ਕਹਾ ਕਰੇ ਮਨਿ ਮਾਨੁ ॥ ਦੇਵਣਹਾਰੇ ਕੈ ਹਥਿ ਦਾਨੁ ॥ ਭਾਵੈ ਦੇਇ ਨ ਦੇਈ ਸੋਇ ॥ ਕੀਤੇ ਕੈ ਕਹਿਐ ਕਿਆ ਹੋਇ ॥੧॥ ਆਪੇ ਸਚੁ ਭਾਵੈ ਤਿਸੁ ਸਚੁ ॥ ਅੰਧਾ ਕਚਾ ਕਚੁ ਨਿਕਚੁ ॥੧॥ ਰਹਾਉ ॥ ਜਾ ਕੇ ਰੁਖ ਬਿਰਖ ਆਰਾਉ ॥ ਜੇਹੀ ਧਾਤੁ ਤੇਹਾ ਤਿਨ ਨਾਉ ॥ ਫੁਲੁ ਭਾਉ ਫਲੁ ਲਿਖਿਆ ਪਾਇ ॥ ਆਪਿ ਬੀਜਿ ਆਪੇ ਹੀ ਖਾਇ ॥੨॥ ਕਚੀ ਕੰਧ ਕਚਾ ਵਿਚਿ ਰਾਜੁ ॥ ਮਤਿ ਅਲੂਣੀ ਫਿਕਾ ਸਾਦੁ ॥ ਨਾਨਕ ਆਣੇ ਆਵੈ ਰਾਸਿ ॥ ਵਿਣੁ ਨਾਵੈ ਨਾਹੀ ਸਾਬਾਸਿ ॥ ੩॥੩੨॥ ਸਿਰੀਰਾਗੁ ਮਹਲਾ ੧ ਘਰੁ ੫ ॥ ਅਛਲ ਛਲਾਈ ਨਹ ਛਲੈ ਨਹ ਘਾਉ ਕਟਾਰਾ ਕਰਿ ਸਕੈ ॥ ਜਿਉ ਸਾਹਿਬੁ ਰਾਖੈ ਤਿਉ ਰਹੈ ਇਸੁ ਲੋਭੀ ਕਾ ਜੀਉ ਟਲ ਪਲੈ ॥੧॥ ਬਿਨੁ ਤੇਲ ਦੀਵਾ ਕਿਉ ਜਲੈ ॥੧॥ ਰਹਾਉ ॥ ਪੋਥੀ ਪੁਰਾਣ ਕਮਾਈਐ ॥ ਭਉ ਵਟੀ ਇਤੁ ਤਨਿ ਪਾਈਐ ॥ ਸਚੁ ਬੂਝਣੁ ਆਣਿ ਜਲਾਈਐ ॥੨॥ ਇਹੁ ਤੇਲੁ ਦੀਵਾ ਇਉ ਜਲੈ ॥ ਕਰਿ ਚਾਨਣੁ ਸਾਹਿਬ ਤਉ ਮਿਲੈ ॥੧॥ ਰਹਾਉ ॥ ਇਤੁ ਤਨਿ ਲਾਗੈ ਬਾਣੀਆ ॥ ਸੁਖੁ ਹੋਵੈ ਸੇਵ ਕਮਾਣੀਆ ॥ ਸਭ ਦੁਨੀਆ ਆਵਣ ਜਾਣੀਆ ॥੩॥ ਵਿਚਿ ਦੁਨੀਆ ਸੇਵ ਕਮਾਈਐ ॥ ਤਾ ਦਰਗਹ ਬੈਸਣੁ ਪਾਈਐ ॥ ਕਹੁ ਨਾਨਕ ਬਾਹ ਲੁਡਾਈਐ ॥੪॥੩੩॥

ਅੰਗ 26 ਤੋਂ ਸਿਰੀਰਾਗੁ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ ਤੱਕ ਹੈ।

ਅੰਗ 39 ਤੋਂ ਸਿਰੀਰਾਗੁ ਵਿਚ ਚੌਥੇ ਪਾਤਸ਼ਾਹ ਦੀ ਬਾਣੀ ਸ਼ੁਰੂ ਹੋ ਜਾਂਦੀ ਹੈ।

ਸਿਰੀਰਾਗੁ ਮਹਲਾ ੧ ਘਰੁ ੧ ਅਸਟਪਦੀਆ

ਅੰਗ 53 ਤੋਂ ਸਿਰੀਰਾਗੁ ਮਹਲਾ ੧ ਘਰੁ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 42 ਤੱਕ ਹੈ।

੧ਓ ☬ ਸਤਿਗੁਰ ਪ੍ਰਸਾਦਿ ॥

ਸਿਰੀਰਾਗੁ ਮਹਲਾ ੧ ਘਰੁ ੧ ਅਸਟਪਦੀਆ ॥ ਆਖਿ ਆਖਿ ਮਨੁ ਵਾਵਣਾ ਜਿਉ ਜਿਉ ਜਾਪੈ ਵਾਇ ॥ ਜਿਸ ਨੋ ਵਾਇ ਸੁਣਾਈਐ ਸੋ ਕੇਵਡੁ ਕਿਤੁ ਥਾਇ ॥ ਆਖਣ ਵਾਲੇ ਜੇਤੜੇ ਸਭਿ ਆਖਿ ਰਹੇ ਲਿਵ ਲਾਇ ॥੧॥ ਬਾਬਾ ਅਲਹੁ ਅਗਮ ਅਪਾਰੁ ॥ ਪਾਕੀ ਨਾਈ ਪਾਕ ਥਾਇ ਸਚਾ ਪਰਵਦਿਗਾਰੁ ॥੧॥ ਰਹਾਉ ॥ ਤੇਰਾ ਹੁਕਮੁ ਨ ਜਾਪੀ ਕੇਤੜਾ ਲਿਖਿ ਨ ਜਾਣੈ ਕੋਇ ॥ ਜੇ ਸਉ ਸਾਇਰ ਮੇਲੀਅਹਿ ਤਿਲੁ ਨ ਪੁਜਾਵਹਿ ਰੋਇ ॥ ਕੀਮਤਿ ਕਿਨੈ ਨ ਪਾਈਆ ਸਭਿ ਸੁਣਿ ਸੁਣਿ ਆਖਹਿ ਸੋਇ ॥੨॥ ਪੀਰ ਪੈਕਾਮਰ ਸਾਲਕ ਸਾਦਕ ਸੁਹਦੇ ਅਉਰੁ ਸਹੀਦ ॥ ਸੇਖ ਮਸਾਇਕ ਕਾਜੀ ਮੁਲਾ ਦਰਿ ਦਰਵੇਸ ਰਸੀਦ ॥ ਬਰਕਤਿ ਤਿਨ ਕਉ ਅਗਲੀ ਪੜਦੇ ਰਹਨਿ ਦਰੂਦ ॥੩॥ ਪੁਛਿ ਨ ਸਾਜੇ ਪੁਛਿ ਨ ਢਾਹੇ ਪੁਛਿ ਨ ਦੇਵੈ ਲੇਇ ॥ ਆਪਣੀ ਕੁਦਰਤਿ ਆਪੇ ਜਾਣੈ ਆਪੇ ਕਰਣੁ ਕਰੇਇ ॥ ਸਭਨਾ ਵੇਖੈ ਨਦਰਿ ਕਰਿ ਜੈ ਭਾਵੈ ਤੈ ਦੇਇ ॥੪॥ ਥਾਵਾ ਨਾਵ ਨ ਜਾਣੀਅਹਿ ਨਾਵਾ ਕੇਵਡੁ ਨਾਉ ॥ ਜਿਥੈ ਵਸੈ ਮੇਰਾ ਪਾਤਿਸਾਹੁ ਸੋ ਕੇਵਡੁ ਹੈ ਥਾਉ ॥ ਅੰਬੜਿ ਕੋਇ ਨ ਸਕਈ ਹਉ ਕਿਸ ਨੋ ਪੁਛਣਿ ਜਾਉ ॥੫॥ ਵਰਨਾ ਵਰਨ ਨ ਭਾਵਨੀ ਜੇ ਕਿਸੈ ਵਡਾ ਕਰੇਇ ॥ ਵਡੇ ਹਥਿ

ਵਡਿਆਈਆ ਜੈ ਭਾਵੈ ਤੈ ਦੇਇ ॥ ਹੁਕਮਿ ਸਵਾਰੇ ਆਪਣੈ ਚਸਾ ਨ ਢਿਲ ਕਰੇਇ ॥੬॥ ਸਭੁ ਕੋ ਆਖੈ ਬਹੁਤੁ ਬਹੁਤੁ ਲੈਣੈ ਕੈ ਵੀਚਾਰਿ ॥ ਕੇਵਡੁ ਦਾਤਾ ਆਖੀਐ ਦੇ ਕੈ ਰਹਿਆ ਸੁਮਾਰਿ ॥ ਨਾਨਕ ਤੋਟਿ ਨ ਆਵਈ ਤੇਰੇ ਜੁਗਹ ਜੁਗਹ ਭੰਡਾਰ ॥੭॥੧॥ ਮਹਲਾ ੧ ॥ ਸਭੇ ਕੰਤ ਮਹੇਲੀਆ ਸਗਲੀਆ ਕਰਹਿ ਸੀਗਾਰੁ ॥ ਗਣਤ ਗਣਾਵਣਿ ਆਈਆ ਸੂਹਾ ਵੇਸੁ ਵਿਕਾਰੁ ॥ ਪਾਖੰਡਿ ਪ੍ਰੇਮੁ ਨ ਪਾਈਐ ਖੋਟਾ ਪਾਜੁ ਖੁਆਰੁ ॥੧॥ ਹਰਿ ਜੀਉ ਇਉ ਪਿਰੁ ਰਾਵੈ ਨਾਰਿ ॥ ਤੁਧੁ ਭਾਵਨਿ ਸੋਹਾਗਣੀ ਅਪਣੀ ਕਿਰਪਾ ਲੈਹਿ ਸਵਾਰਿ ॥੧॥ ਰਹਾਉ ॥ ਗੁਰ ਸਬਦੀ ਸੀਗਾਰੀਆ ਤਨੁ ਮਨੁ ਪਿਰ ਕੈ ਪਾਸਿ ॥ ਦੁਇ ਕਰ ਜੋੜਿ ਖੜੀ ਤਕੈ ਸਚੁ ਕਹੈ ਅਰਦਾਸਿ ॥ ਲਾਲਿ ਰਤੀ ਸਚ ਭੈ ਵਸੀ ਭਾਇ ਰਤੀ ਰੰਗਿ ਰਾਸਿ ॥੨॥ ਪ੍ਰਿਅ ਕੀ ਚੇਰੀ ਕਾਂਢੀਐ ਲਾਲੀ ਮਾਨੈ ਨਾਉ ॥ ਸਾਚੀ ਪ੍ਰੀਤਿ ਨ ਤੁਟਈ ਸਾਚੇ ਮੇਲਿ ਮਿਲਾਉ ॥ ਸਬਦਿ ਰਤੀ ਮਨੁ ਵੇਧਿਆ ਹਉ ਸਦ ਬਲਿਹਾਰੈ ਜਾਉ ॥੩॥ ਸਾ ਧਨ ਰੰਡ ਨ ਬੈਸਈ ਜੇ ਸਤਿਗੁਰ ਮਾਹਿ ਸਮਾਇ ॥ ਪਿਰੁ ਰੀਸਾਲੂ ਨਉਤਨੋ ਸਾਚਉ ਮਰੈ ਨ ਜਾਇ ॥ ਨਿਤ ਰਵੈ ਸੋਹਾਗਣੀ ਸਾਚੀ ਨਦਰਿ ਰਜਾਇ ॥੪॥ ਸਾਚੁ ਧੜੀ ਧਨ ਮਾਡੀਐ ਕਾਪੜੁ ਪ੍ਰੇਮ ਸੀਗਾਰੁ ॥ ਚੰਦਨੁ ਚੀਤਿ ਵਸਾਇਆ ਮੰਦਰੁ ਦਸਵਾ ਦੁਆਰੁ ॥ ਦੀਪਕੁ ਸਬਦਿ ਵਿਗਾਸਿਆ ਰਾਮ ਨਾਮੁ ਉਰ ਹਾਰੁ ॥੫॥ ਨਾਰੀ ਅੰਦਰਿ ਸੋਹਣੀ ਮਸਤਕਿ ਮਣੀ ਪਿਆਰੁ ॥ ਸੋਭਾ ਸੁਰਤਿ ਸੁਹਾਵਣੀ ਸਾਚੈ ਪ੍ਰੇਮਿ ਅਪਾਰ ॥ ਬਿਨੁ ਪਿਰ ਪੁਰਖੁ ਨ ਜਾਣਈ ਸਾਚੇ ਗੁਰ ਕੈ ਹੇਤਿ ਪਿਆਰਿ ॥੬॥ ਨਿਸਿ ਅੰਧਿਆਰੀ ਸੁਤੀਏ ਕਿਉ ਪਿਰ ਬਿਨੁ ਰੈਣਿ ਵਿਹਾਇ ॥ ਅੰਕੁ ਜਲਉ ਤਨੁ ਜਾਲੀਅਉ ਮਨੁ ਧਨੁ ਜਲਿ ਬਲਿ ਜਾਇ ॥ ਜਾ ਧਨ ਕੰਤਿ ਨ ਰਾਵੀਆ ਤਾ ਬਿਰਥਾ ਜੋਬਨੁ ਜਾਇ ॥੭॥ ਸੇਜੈ ਕੰਤ ਮਹੇਲੜੀ ਸੂਤੀ ਬੂਝ ਨ ਪਾਇ ॥ ਹਉ ਸੁਤੀ ਪਿਰੁ ਜਾਗਣਾ ਕਿਸ ਕਉ ਪੂਛਉ ਜਾਇ ॥ ਸਤਿਗੁਰਿ ਮੇਲੀ ਭੈ ਵਸੀ ਨਾਨਕ ਪ੍ਰੇਮੁ ਸਖਾਇ ॥੮॥੨॥ ਸਿਰੀਰਾਗੁ ਮਹਲਾ ੧ ॥ ਆਪੇ ਗੁਣ ਆਪੇ ਕਥੈ ਆਪੇ ਸੁਣਿ ਵੀਚਾਰੁ ॥ ਆਪੇ ਰਤਨੁ ਪਰਖਿ ਤੂੰ ਆਪੇ ਮੋਲੁ ਅਪਾਰੁ ॥ ਸਾਚਉ ਮਾਨੁ ਮਹਤੁ ਤੂੰ ਆਪੇ ਦੇਵਣਹਾਰੁ ॥੧॥ ਹਰਿ ਜੀਉ ਤੂੰ ਕਰਤਾ ਕਰਤਾਰੁ ॥ ਜਿਉ ਭਾਵੈ ਤਿਉ ਰਾਖੁ ਤੂੰ ਹਰਿ ਨਾਮੁ ਮਿਲੈ ਆਚਾਰੁ ॥੧॥ ਰਹਾਉ ॥ ਆਪੇ ਹੀਰਾ ਨਿਰਮਲਾ ਆਪੇ ਰੰਗੁ ਮਜੀਠ ॥ ਆਪੇ ਮੋਤੀ ਊਜਲੋ ਆਪੇ ਭਗਤ ਬਸੀਠੁ ॥ ਗੁਰ ਕੈ ਸਬਦਿ ਸਲਾਹਣਾ ਘਟਿ ਘਟਿ ਡੀਠੁ ਅਡੀਠੁ

॥੨॥ ਆਪੇ ਸਾਗਰੁ ਬੋਹਿਥਾ ਆਪੇ ਪਾਰੁ ਅਪਾਰੁ ॥ ਸਾਚੀ ਵਾਟ ਸੁਜਾਣੁ ਤੂੰ ਸਬਦਿ ਲਘਾਵਣਹਾਰੁ ॥ ਨਿਡਰਿਆ ਡਰੁ ਜਾਣੀਐ ਬਾਝੁ ਗੁਰੂ ਗੁਬਾਰੁ ॥੩॥ ਅਸਥਿਰੁ ਕਰਤਾ ਦੇਖੀਐ ਹੋਰੁ ਕੇਤੀ ਆਵੈ ਜਾਇ ॥ ਆਪੇ ਨਿਰਮਲੁ ਏਕੁ ਤੂੰ ਹੋਰ ਬੰਧੀ ਧੰਧੈ ਪਾਇ ॥ ਗੁਰਿ ਰਾਖੇ ਸੇ ਉਬਰੇ ਸਾਚੇ ਸਿਉ ਲਿਵ ਲਾਇ ॥੪॥ ਹਰਿ ਜੀਉ ਸਬਦਿ ਪਛਾਣੀਐ ਸਾਚਿ ਰਤੇ ਗੁਰ ਵਾਕਿ ॥ ਤਿਤੁ ਤਨਿ ਮੈਲੁ ਨ ਲਗਈ ਸਚ ਘਰਿ ਜਿਸੁ ਓਤਾਕੁ ॥ ਨਦਰਿ ਕਰੇ ਸਚੁ ਪਾਈਐ ਬਿਨੁ ਨਾਵੈ ਕਿਆ ਸਾਕੁ ॥੫॥ ਜਿਨੀ ਸਚੁ ਪਛਾਣਿਆ ਸੇ ਸੁਖੀਏ ਜੁਗ ਚਾਰਿ ॥ ਹਉਮੈ ਤ੍ਰਿਸਨਾ ਮਾਰਿ ਕੈ ਸਚੁ ਰਖਿਆ ਉਰ ਧਾਰਿ ॥ ਜਗ ਮਹਿ ਲਾਹਾ ਏਕੁ ਨਾਮੁ ਪਾਈਐ ਗੁਰ ਵੀਚਾਰਿ ॥੬॥ ਸਾਚਉ ਵਖਰੁ ਲਾਦੀਐ ਲਾਭੁ ਸਦਾ ਸਚੁ ਰਾਸਿ ॥ ਸਾਚੀ ਦਰਗਹ ਬੈਸਈ ਭਗਤਿ ਸਚੀ ਅਰਦਾਸਿ ॥ ਪਤਿ ਸਿਉ ਲੇਖਾ ਨਿਬੜੈ ਰਾਮ ਨਾਮੁ ਪਰਗਾਸਿ ॥੭॥ ਊਚਾ ਊਚਉ ਆਖੀਐ ਕਹਉ ਨ ਦੇਖਿਆ ਜਾਇ ॥ ਜਹ ਦੇਖਾ ਤਹ ਏਕੁ ਤੂੰ ਸਤਿਗੁਰਿ ਦੀਆ ਦਿਖਾਇ ॥ ਜੋਤਿ ਨਿਰੰਤਰਿ ਜਾਣੀਐ ਨਾਨਕ ਸਹਜਿ ਸੁਭਾਇ ॥੮॥੩॥ ਸਿਰੀਰਾਗੁ ਮਹਲਾ ੧ ॥ ਮਛੁਲੀ ਜਾਲੁ ਨ ਜਾਣਿਆ ਸਰੁ ਖਾਰਾ ਅਸਗਾਹੁ ॥ ਅਤਿ ਸਿਆਣੀ ਸੋਹਣੀ ਕਿਉ ਕੀਤੋ ਵੇਸਾਹੁ ॥ ਕੀਤੇ ਕਾਰਣਿ ਪਾਕੜੀ ਕਾਲੁ ਨ ਟਲੈ ਸਿਰਾਹੁ ॥੧॥ ਭਾਈ ਰੇ ਇਉ ਸਿਰਿ ਜਾਣਹੁ ਕਾਲੁ ॥ ਜਿਉ ਮਛੀ ਤਿਉ ਮਾਣਸਾ ਪਵੈ ਅਚਿੰਤਾ ਜਾਲੁ ॥੧॥ ਰਹਾਉ ॥ ਸਭੁ ਜਗੁ ਬਾਧੋ ਕਾਲ ਕੋ ਬਿਨੁ ਗੁਰ ਕਾਲੁ ਅਫਾਰੁ ॥ ਸਚਿ ਰਤੇ ਸੇ ਉਬਰੇ ਦੁਬਿਧਾ ਛੋਡਿ ਵਿਕਾਰ ॥ ਹਉ ਤਿਨ ਕੈ ਬਲਿਹਾਰਣੈ ਦਰਿ ਸਚੈ ਸਚਿਆਰ ॥੨॥ ਸੀਚਾਨੇ ਜਿਉ ਪੰਖੀਆ ਜਾਲੀ ਬਧਿਕ ਹਾਥਿ ॥ ਗੁਰਿ ਰਾਖੇ ਸੇ ਉਬਰੇ ਹੋਰਿ ਫਾਥੇ ਚੋਗੈ ਸਾਥਿ ॥ ਬਿਨੁ ਨਾਵੈ ਚੁਣਿ ਸੁਟੀਅਹਿ ਕੋਇ ਨ ਸੰਗੀ ਸਾਥਿ ॥੩॥ ਸਚੋ ਸਚਾ ਆਖੀਐ ਸਚੇ ਸਚਾ ਥਾਨੁ ॥ ਜਿਨੀ ਸਚਾ ਮੰਨਿਆ ਤਿਨ ਮਨਿ ਸਚੁ ਧਿਆਨੁ ॥ ਮਨਿ ਮੁਖਿ ਸੂਚੇ ਜਾਣੀਅਹਿ ਗੁਰਮੁਖਿ ਜਿਨਾ ਗਿਆਨੁ ॥੪॥ ਸਤਿਗੁਰ ਅਗੈ ਅਰਦਾਸਿ ਕਰਿ ਸਾਜਨੁ ਦੇਇ ਮਿਲਾਇ ॥ ਸਾਜਨਿ ਮਿਲਿਐ ਸੁਖੁ ਪਾਇਆ ਜਮਦੂਤ ਮੁਏ ਬਿਖੁ ਖਾਇ ॥ ਨਾਵੈ ਅੰਦਰਿ ਹਉ ਵਸਾਂ ਨਾਉ ਵਸੈ ਮਨਿ ਆਇ ॥੫॥ ਬਾਝੁ ਗੁਰੂ ਗੁਬਾਰੁ ਹੈ ਬਿਨੁ ਸਬਦੈ ਬੂਝ ਨ ਪਾਇ ॥ ਗੁਰਮਤੀ ਪਰਗਾਸੁ ਹੋਇ ਸਚਿ ਰਹੈ ਲਿਵ ਲਾਇ ॥ ਤਿਥੈ ਕਾਲੁ ਨ ਸੰਚਰੈ ਜੋਤੀ ਜੋਤਿ ਸਮਾਇ ॥੬॥ ਤੂੰਹੈ ਸਾਜਨੁ ਤੂੰ ਸੁਜਾਣੁ ਤੂੰ ਆਪੇ ਮੇਲਣਹਾਰੁ ॥

ਗੁਰ ਸਬਦੀ ਸਾਲਾਹੀਐ ਅੰਤੁ ਨ ਪਾਰਾਵਾਰੁ ॥ ਤਿਥੈ ਕਾਲੁ ਨ ਅਪੜੈ ਜਿਥੈ ਗੁਰ ਕਾ ਸਬਦੁ ਅਪਾਰੁ ॥੭॥ ਹੁਕਮੀ ਸਭੇ ਊਪਜਹਿ ਹੁਕਮੀ ਕਾਰ ਕਮਾਹਿ ॥ ਹੁਕਮੀ ਕਾਲੈ ਵਸਿ ਹੈ ਹੁਕਮੀ ਸਾਚਿ ਸਮਾਹਿ ॥ ਨਾਨਕ ਜੋ ਤਿਸੁ ਭਾਵੈ ਸੋ ਥੀਐ ਇਨਾ ਜੰਤਾ ਵਸਿ ਕਿਛੁ ਨਾਹਿ ॥੮॥੪॥

ਸਿਰੀਰਾਗੁ ਮਹਲਾ ੧ ॥ ਮਨਿ ਜੂਠੈ ਤਨਿ ਜੂਠਿ ਹੈ ਜਿਹਵਾ ਜੂਠੀ ਹੋਇ ॥ ਮੁਖਿ ਝੂਠੈ ਝੂਠੁ ਬੋਲਣਾ ਕਿਉ ਕਰਿ ਸੂਚਾ ਹੋਇ ॥ ਬਿਨੁ ਅਭ ਸਬਦ ਨ ਮਾਂਜੀਐ ਸਾਚੇ ਤੇ ਸਚੁ ਹੋਇ ॥੧॥ ਮੁੰਧੇ ਗੁਣਹੀਣੀ ਸੁਖੁ ਕੇਹਿ ॥ ਪਿਰੁ ਰਲੀਆ ਰਸਿ ਮਾਣਸੀ ਸਾਚਿ ਸਬਦਿ ਸੁਖੁ ਨੇਹਿ ॥੧॥ ਰਹਾਉ ॥ ਪਿਰੁ ਪਰਦੇਸੀ ਜੇ ਥੀਐ ਧਨ ਵਾਂਢੀ ਝੂਰੇਇ ॥ ਜਿਉ ਜਲਿ ਥੋੜੈ ਮਛੁਲੀ ਕਰਣ ਪਲਾਵ ਕਰੇਇ ॥ ਪਿਰ ਭਾਵੈ ਸੁਖੁ ਪਾਈਐ ਜਾ ਆਪੇ ਨਦਰਿ ਕਰੇਇ ॥੨॥ ਪਿਰੁ ਸਾਲਾਹੀ ਆਪਣਾ ਸਖੀ ਸਹੇਲੀ ਨਾਲਿ ॥ ਤਨਿ ਸੋਹੈ ਮਨੁ ਮੋਹਿਆ ਰਤੀ ਰੰਗਿ ਨਿਹਾਲਿ ॥ ਸਬਦਿ ਸਵਾਰੀ ਸੋਹਣੀ ਪਿਰੁ ਰਾਵੇ ਗੁਣ ਨਾਲਿ ॥੩॥ ਕਾਮਣਿ ਕਾਮਿ ਨ ਆਵਈ ਖੋਟੀ ਅਵਗਣਿਆਰਿ ॥ ਨਾ ਸੁਖੁ ਪੇਈਐ ਸਾਹੁਰੈ ਝੂਠਿ ਜਲੀ ਵੇਕਾਰਿ ॥ ਆਵਣੁ ਵੰਞਣੁ ਡਾਖੜੋ ਛੋਡੀ ਕੰਤਿ ਵਿਸਾਰਿ ॥੪॥ ਪਿਰ ਕੀ ਨਾਰਿ ਸੁਹਾਵਣੀ ਮੁਤੀ ਸੋ ਕਿਤੁ ਸਾਦਿ ॥ ਪਿਰ ਕੈ ਕਾਮਿ ਨ ਆਵਈ ਬੋਲੇ ਫਾਦਿਲੁ ਬਾਦਿ ॥ ਦਰਿ ਘਰਿ ਢੋਈ ਨਾ ਲਹੈ ਛੂਟੀ ਦੂਜੈ ਸਾਦਿ ॥੫॥ ਪੰਡਿਤ ਵਾਚਹਿ ਪੋਥੀਆ ਨਾ ਬੂਝਹਿ ਵੀਚਾਰੁ ॥ ਅਨ ਕਉ ਮਤੀ ਦੇ ਚਲਹਿ ਮਾਇਆ ਕਾ ਵਾਪਾਰੁ ॥ ਕਥਨੀ ਝੂਠੀ ਜਗੁ ਭਵੈ ਰਹਣੀ ਸਬਦੁ ਸੁ ਸਾਰੁ ॥੬॥ ਕੇਤੇ ਪੰਡਿਤ ਜੋਤਕੀ ਬੇਦਾ ਕਰਹਿ ਬੀਚਾਰੁ ॥ ਵਾਦਿ ਵਿਰੋਧਿ ਸਲਾਹਣੇ ਵਾਦੇ ਆਵਣੁ ਜਾਣੁ ॥ ਬਿਨੁ ਗੁਰ ਕਰਮ ਨ ਛੁਟਸੀ ਕਹਿ ਸੁਣਿ ਆਖਿ ਵਖਾਣੁ ॥੭॥ ਸਭਿ ਗੁਣਵੰਤੀ ਆਖੀਅਹਿ ਮੈ ਗੁਣੁ ਨਾਹੀ ਕੋਇ ॥ ਹਰਿ ਵਰੁ ਨਾਰਿ ਸੁਹਾਵਣੀ ਮੈ ਭਾਵੈ ਪ੍ਰਭੁ ਸੋਇ ॥ ਨਾਨਕ ਸਬਦਿ ਮਿਲਾਵੜਾ ਨਾ ਵੇਛੋੜਾ ਹੋਇ ॥੮॥੫॥ ਸਿਰੀਰਾਗੁ ਮਹਲਾ ੧ ॥ ਜਪੁ ਤਪੁ ਸੰਜਮੁ ਸਾਧੀਐ ਤੀਰਥਿ ਕੀਚੈ ਵਾਸੁ ॥ ਪੁੰਨ ਦਾਨ ਚੰਗਿਆਈਆ ਬਿਨੁ ਸਾਚੇ ਕਿਆ ਤਾਸੁ ॥ ਜੇਹਾ ਰਾਧੇ ਤੇਹਾ ਲੁਣੈ ਬਿਨੁ ਗੁਣ ਜਨਮੁ ਵਿਣਾਸੁ ॥੧॥ ਮੁੰਧੇ ਗੁਣ ਦਾਸੀ ਸੁਖੁ ਹੋਇ ॥ ਅਵਗਣ ਤਿਆਗਿ ਸਮਾਈਐ ਗੁਰਮਤਿ ਪੂਰਾ ਸੋਇ ॥੧॥ ਰਹਾਉ ॥ ਵਿਣੁ ਰਾਸੀ ਵਾਪਾਰੀਆ ਤਕੇ ਕੁੰਡਾ ਚਾਰਿ

॥ ਮੂਲੁ ਨ ਬੁਝੈ ਆਪਣਾ ਵਸਤੁ ਰਹੀ ਘਰ ਬਾਰਿ ॥ ਵਿਣੁ ਵਖਰ ਦੁਖੁ ਅਗਲਾ ਕੂੜਿ ਮੁਠੀ ਕੂੜਿਆਰਿ ॥੨॥ ਲਾਹਾ ਅਹਿਨਿਸਿ ਨਉਤਨਾ ਪਰਖੇ ਰਤਨੁ ਵੀਚਾਰਿ ॥ ਵਸਤੁ ਲਹੈ ਘਰਿ ਆਪਣੈ ਚਲੈ ਕਾਰਜੁ ਸਾਰਿ ॥ ਵਣਜਾਰਿਆ ਸਿਉ ਵਣਜੁ ਕਰਿ ਗੁਰਮੁਖਿ ਬ੍ਰਹਮੁ ਬੀਚਾਰਿ ॥੩॥ ਸੰਤਾਂ ਸੰਗਤਿ ਪਾਈਐ ਜੇ ਮੇਲੇ ਮੇਲਣਹਾਰੁ ॥ ਮਿਲਿਆ ਹੋਇ ਨ ਵਿਛੁੜੈ ਜਿਸੁ ਅੰਤਰਿ ਜੋਤਿ ਅਪਾਰ ॥ ਸਚੈ ਆਸਣਿ ਸਚਿ ਰਹੈ ਸਚੈ ਪ੍ਰੇਮ ਪਿਆਰ ॥੪॥ ਜਿਨੀ ਆਪੁ ਪਛਾਣਿਆ ਘਰ ਮਹਿ ਮਹਲੁ ਸੁਥਾਇ ॥ ਸਚੇ ਸੇਤੀ ਰਤਿਆ ਸਚੋ ਪਲੈ ਪਾਇ ॥ ਤ੍ਰਿਭਵਣਿ ਸੋ ਪ੍ਰਭੁ ਜਾਣੀਐ ਸਾਚੋ ਸਾਚੈ ਨਾਇ ॥੫॥ ਸਾ ਧਨ ਖਰੀ ਸੁਹਾਵਣੀ ਜਿਨਿ ਪਿਰੁ ਜਾਤਾ ਸੰਗਿ ॥ ਮਹਲੀ ਮਹਲਿ ਬੁਲਾਈਐ ਸੋ ਪਿਰੁ ਰਾਵੇ ਰੰਗਿ ॥ ਸਚਿ ਸੁਹਾਗਣਿ ਸਾ ਭਲੀ ਪਿਰਿ ਮੋਹੀ ਗੁਣ ਸੰਗਿ ॥੬॥ ਭੂਲੀ ਭੂਲੀ ਥਲਿ ਚੜਾ ਥਲਿ ਚੜਿ ਡੂਗਰਿ ਜਾਉ ॥ ਬਨ ਮਹਿ ਭੂਲੀ ਜੇ ਫਿਰਾ ਬਿਨੁ ਗੁਰ ਬੂਝ ਨ ਪਾਉ ॥ ਨਾਵਹੁ ਭੂਲੀ ਜੇ ਫਿਰਾ ਫਿਰਿ ਫਿਰਿ ਆਵਉ ਜਾਉ ॥੭॥ ਪੁਛਹੁ ਜਾਇ ਪਧਾਊਆ ਚਲੇ ਚਾਕਰ ਹੋਇ ॥ ਰਾਜਨੁ ਜਾਣਹਿ ਆਪਣਾ ਦਰਿ ਘਰਿ ਠਾਕ ਨ ਹੋਇ ॥ ਨਾਨਕ ਏਕੋ ਰਵਿ ਰਹਿਆ ਦੂਜਾ ਅਵਰੁ ਨ ਕੋਇ ॥੮॥੬॥

ਸਿਰੀਰਾਗੁ ਮਹਲਾ ੧ ॥ ਗੁਰ ਤੇ ਨਿਰਮਲੁ ਜਾਣੀਐ ਨਿਰਮਲ ਦੇਹ ਸਰੀਰੁ ॥ ਨਿਰਮਲੁ ਸਾਚੋ ਮਨਿ ਵਸੈ ਸੋ ਜਾਣੈ ਅਭ ਪੀਰ ॥ ਸਹਜੈ ਤੇ ਸੁਖੁ ਅਗਲੋ ਨਾ ਲਾਗੈ ਜਮ ਤੀਰੁ ॥੧॥ ਭਾਈ ਰੇ ਮੈਲੁ ਨਾਹੀ ਨਿਰਮਲ ਜਲਿ ਨਾਇ ॥ ਨਿਰਮਲੁ ਸਾਚਾ ਏਕੁ ਤੂ ਹੋਰੁ ਮੈਲੁ ਭਰੀ ਸਭ ਜਾਇ ॥੧॥ ਰਹਾਉ ॥ ਹਰਿ ਕਾ ਮੰਦਰੁ ਸੋਹਣਾ ਕੀਆ ਕਰਣੈਹਾਰਿ ॥ ਰਵਿ ਸਸਿ ਦੀਪ ਅਨੂਪ ਜੋਤਿ ਤ੍ਰਿਭਵਣਿ ਜੋਤਿ ਅਪਾਰ ॥ ਹਾਟ ਪਟਣ ਗੜ ਕੋਠੜੀ ਸਚੁ ਸਉਦਾ ਵਾਪਾਰ ॥੨॥ ਗਿਆਨ ਅੰਜਨੁ ਭੈ ਭੰਜਨਾ ਦੇਖੁ ਨਿਰੰਜਨ ਭਾਇ ॥ ਗੁਪਤੁ ਪ੍ਰਗਟੁ ਸਭ ਜਾਣੀਐ ਜੇ ਮਨੁ ਰਾਖੈ ਠਾਇ ॥ ਐਸਾ ਸਤਿਗੁਰੁ ਜੇ ਮਿਲੈ ਤਾ ਸਹਜੇ ਲਏ ਮਿਲਾਇ ॥੩॥ ਕਸਿ ਕਸਵਟੀ ਲਾਈਐ ਪਰਖੇ ਹਿਤੁ ਚਿਤੁ ਲਾਇ ॥ ਖੋਟੇ ਠਉਰ ਨ ਪਾਇਨੀ ਖਰੇ ਖਜਾਨੈ ਪਾਇ ॥ ਆਸ ਅੰਦੇਸਾ ਦੂਰਿ ਕਰਿ ਇਉ ਮਲੁ ਜਾਇ ਸਮਾਇ ॥੪॥ ਸੁਖ ਕਉ ਮਾਗੈ ਸਭੁ ਕੋ ਦੁਖੁ ਨ ਮਾਗੈ ਕੋਇ ॥ ਸੁਖੈ ਕਉ ਦੁਖੁ ਅਗਲਾ ਮਨਮੁਖਿ ਬੂਝ ਨ ਹੋਇ ॥ ਸੁਖ ਦੁਖ ਸਮ ਕਰਿ ਜਾਣੀਅਹਿ ਸਬਦਿ

ਭੇਦਿ ਸੁਖੁ ਹੋਇ ॥੫॥ ਬੇਦੁ ਪੁਕਾਰੇ ਵਾਚੀਐ ਬਾਣੀ ਬ੍ਰਹਮ ਬਿਆਸੁ ॥ ਮੁਨਿ ਜਨ ਸੇਵਕ ਸਾਧਿਕਾ ਨਾਮਿ ਰਤੇ ਗੁਣਤਾਸੁ ॥ ਸਚਿ ਰਤੇ ਸੇ ਜਿਣਿ ਗਏ ਹਉ ਸਦ ਬਲਿਹਾਰੈ ਜਾਸੁ ॥੬॥ ਚਹੁ ਜੁਗਿ ਮੈਲੇ ਮਲੁ ਭਰੇ ਜਿਨ ਮੁਖਿ ਨਾਮੁ ਨ ਹੋਇ ॥ ਭਗਤੀ ਭਾਇ ਵਿਹੂਣਿਆ ਮੁਹੁ ਕਾਲਾ ਪਤਿ ਖੋਇ ॥ ਜਿਨੀ ਨਾਮੁ ਵਿਸਾਰਿਆ ਅਵਗਣ ਮੁਠੀ ਰੋਇ ॥੭॥ ਖੋਜਤ ਖੋਜਤ ਪਾਇਆ ਡਰੁ ਕਰਿ ਮਿਲੈ ਮਿਲਾਇ ॥ ਆਪੁ ਪਛਾਣੈ ਘਰਿ ਵਸੈ ਹਉਮੈ ਤ੍ਰਿਸਨਾ ਜਾਇ ॥ ਨਾਨਕ ਨਿਰਮਲ ਊਜਲੇ ਜੋ ਰਾਤੇ ਹਰਿ ਨਾਇ ॥੮॥੭॥

ਸਿਰੀਰਾਗੁ ਮਹਲਾ ੧ ॥ ਸੁਣਿ ਮਨ ਭੂਲੇ ਬਾਵਰੇ ਗੁਰ ਕੀ ਚਰਣੀ ਲਾਗੁ ॥ ਹਰਿ ਜਪਿ ਨਾਮੁ ਧਿਆਇ ਤੂ ਜਮੁ ਡਰਪੈ ਦੁਖ ਭਾਗੁ ॥ ਦੂਖੁ ਘਣੋ ਦੋਹਾਗਣੀ ਕਿਉ ਥਿਰੁ ਰਹੈ ਸੁਹਾਗੁ ॥੧॥ ਭਾਈ ਰੇ ਅਵਰੁ ਨਾਹੀ ਮੈ ਥਾਉ ॥ ਮੈ ਧਨੁ ਨਾਮੁ ਨਿਧਾਨੁ ਹੈ ਗੁਰਿ ਦੀਆ ਬਲਿ ਜਾਉ ॥੧॥ ਰਹਾਉ ॥ ਗੁਰਮਤਿ ਪਤਿ ਸਾਬਾਸਿ ਤਿਸੁ ਤਿਸ ਕੈ ਸੰਗਿ ਮਿਲਾਉ ॥ ਤਿਸੁ ਬਿਨੁ ਘੜੀ ਨ ਜੀਵਊ ਬਿਨੁ ਨਾਵੈ ਮਰਿ ਜਾਉ ॥ ਮੈ ਅੰਧੁਲੇ ਨਾਮੁ ਨ ਵੀਸਰੈ ਟੇਕ ਟਿਕੀ ਘਰਿ ਜਾਉ ॥੨॥ ਗੁਰੂ ਜਿਨਾ ਕਾ ਅੰਧੁਲਾ ਚੇਲੇ ਨਾਹੀ ਠਾਉ ॥ ਬਿਨੁ ਸਤਿਗੁਰ ਨਾਉ ਨ ਪਾਈਐ ਬਿਨੁ ਨਾਵੈ ਕਿਆ ਸੁਆਉ ॥ ਆਇ ਗਇਆ ਪਛੁਤਾਵਣਾ ਜਿਉ ਸੁੰਞੈ ਘਰਿ ਕਾਉ ॥੩॥ ਬਿਨੁ ਨਾਵੈ ਦੁਖੁ ਦੇਹੁਰੀ ਜਿਉ ਕਲਰ ਕੀ ਭੀਤਿ ॥ ਤਬ ਲਗੁ ਮਹਲੁ ਨ ਪਾਈਐ ਜਬ ਲਗੁ ਸਾਚੁ ਨ ਚੀਤਿ ॥ ਸਬਦਿ ਰਪੈ ਘਰੁ ਪਾਈਐ ਨਿਰਬਾਣੀ ਪਦੁ ਨੀਤਿ ॥੪॥ ਹਉ ਗੁਰ ਪੂਛਉ ਆਪਣੇ ਗੁਰ ਪੁਛਿ ਕਾਰ ਕਮਾਉ ॥ ਸਬਦਿ ਸਲਾਹੀ ਮਨਿ ਵਸੈ ਹਉਮੈ ਦੁਖੁ ਜਲਿ ਜਾਉ ॥ ਸਹਜੇ ਹੋਇ ਮਿਲਾਵੜਾ ਸਾਚੇ ਸਾਚਿ ਮਿਲਾਉ ॥੫॥ ਸਬਦਿ ਰਤੇ ਸੇ ਨਿਰਮਲੇ ਤਜਿ ਕਾਮ ਕ੍ਰੋਧੁ ਅਹੰਕਾਰੁ ॥ ਨਾਮੁ ਸਲਾਹਨਿ ਸਦ ਸਦਾ ਹਰਿ ਰਾਖਹਿ ਉਰ ਧਾਰਿ ॥ ਸੋ ਕਿਉ ਮਨਹੁ ਵਿਸਾਰੀਐ ਸਭ ਜੀਆ ਕਾ ਆਧਾਰੁ ॥੬॥ ਸਬਦਿ ਮਰੈ ਸੋ ਮਰਿ ਰਹੈ ਫਿਰਿ ਮਰੈ ਨ ਦੂਜੀ ਵਾਰ ॥ ਸਬਦੈ ਹੀ ਤੇ ਪਾਈਐ ਹਰਿ ਨਾਮੇ ਲਗੈ ਪਿਆਰੁ ॥ ਬਿਨੁ ਸਬਦੈ ਜਗੁ ਭੂਲਾ ਫਿਰੈ ਮਰਿ ਜਨਮੈ ਵਾਰੋ ਵਾਰ ॥੭॥ ਸਭ ਸਾਲਾਹੈ ਆਪ ਕਉ ਵਡਹੁ ਵਡੇਰੀ ਹੋਇ ॥ ਗੁਰ ਬਿਨੁ ਆਪੁ ਨ ਚੀਨੀਐ ਕਹੇ ਸੁਣੇ ਕਿਆ ਹੋਇ ॥ ਨਾਨਕ ਸਬਦਿ ਪਛਾਣੀਐ ਹਉਮੈ ਕਰੈ ਨ ਕੋਇ ॥੮॥੮॥ ਸਿਰੀਰਾਗੁ ਮਹਲਾ ੧ ॥ ਬਿਨੁ ਪਿਰ ਧਨ ਸੀਗਾਰੀਐ ਜੋਬਨੁ ਬਾਦਿ ਖੁਆਰੁ ॥ ਨਾ ਮਾਣੇ ਸੁਖਿ ਸੇਜੜੀ ਬਿਨੁ

ਪਿਰ ਬਾਦਿ ਸੀਗਾਰੁ ॥ ਦੂਖੁ ਘਣੋ ਦੋਹਾਗਣੀ ਨਾ ਘਰਿ ਸੇਜ ਭਤਾਰੁ ॥੧॥ ਮਨ ਰੇ ਰਾਮ ਜਪਹੁ ਸੁਖੁ ਹੋਇ ॥ ਬਿਨੁ ਗੁਰ ਪ੍ਰੇਮੁ ਨ ਪਾਈਐ ਸਬਦਿ ਮਿਲੈ ਰੰਗੁ ਹੋਇ ॥੧॥ ਰਹਾਉ ॥ ਗੁਰ ਸੇਵਾ ਸੁਖੁ ਪਾਈਐ ਹਰਿ ਵਰੁ ਸਹਜਿ ਸੀਗਾਰੁ ॥ ਸਚਿ ਮਾਣੇ ਪਿਰ ਸੇਜੜੀ ਗੂੜਾ ਹੇਤੁ ਪਿਆਰੁ ॥ ਗੁਰਮੁਖਿ ਜਾਣਿ ਸਿਞਾਣੀਐ ਗੁਰਿ ਮੇਲੀ ਗੁਣ ਚਾਰੁ ॥੨॥ ਸਚਿ ਮਿਲਹੁ ਵਰ ਕਾਮਣੀ ਪਿਰਿ ਮੋਹੀ ਰੰਗੁ ਲਾਇ ॥ ਮਨੁ ਤਨੁ ਸਾਚਿ ਵਿਗਸਿਆ ਕੀਮਤਿ ਕਹਣੁ ਨ ਜਾਇ ॥ ਹਰਿ ਵਰੁ ਘਰਿ ਸੋਹਾਗਣੀ ਨਿਰਮਲ ਸਾਚੈ ਨਾਇ ॥੩॥ ਮਨ ਮਹਿ ਮਨੂਆ ਜੇ ਮਰੈ ਤਾ ਪਿਰੁ ਰਾਵੈ ਨਾਰਿ ॥ ਇਕਤੁ ਤਾਗੈ ਰਲਿ ਮਿਲੈ ਗਲਿ ਮੋਤੀਅਨ ਕਾ ਹਾਰੁ ॥ ਸੰਤ ਸਭਾ ਸੁਖੁ ਊਪਜੈ ਗੁਰਮੁਖਿ ਨਾਮ ਅਧਾਰੁ ॥੪॥ ਖਿਨ ਮਹਿ ਉਪਜੈ ਖਿਨਿ ਖਪੈ ਖਿਨੁ ਆਵੈ ਖਿਨੁ ਜਾਇ ॥ ਸਬਦੁ ਪਛਾਣੈ ਰਵਿ ਰਹੈ ਨਾ ਤਿਸੁ ਕਾਲੁ ਸੰਤਾਇ ॥ ਸਾਹਿਬੁ ਅਤੁਲੁ ਨ ਤੋਲੀਐ ਕਥਨਿ ਨ ਪਾਇਆ ਜਾਇ ॥੫॥ ਵਾਪਾਰੀ ਵਣਜਾਰਿਆ ਆਏ ਵਜਹੁ ਲਿਖਾਇ ॥ ਕਾਰ ਕਮਾਵਹਿ ਸਚ ਕੀ ਲਾਹਾ ਮਿਲੈ ਰਜਾਇ ॥ ਪੂੰਜੀ ਸਾਚੀ ਗੁਰੁ ਮਿਲੈ ਨਾ ਤਿਸੁ ਤਿਲੁ ਨ ਤਮਾਇ ॥੬॥ ਗੁਰਮੁਖਿ ਤੋਲਿ ਤੁੋਲਾਇਸੀ ਸਚੁ ਤਰਾਜੀ ਤੋਲੁ ॥ ਆਸਾ ਮਨਸਾ ਮੋਹਣੀ ਗੁਰਿ ਠਾਕੀ ਸਚੁ ਬੋਲੁ ॥ ਆਪਿ ਤੁਲਾਏ ਤੋਲਸੀ ਪੂਰੇ ਪੂਰਾ ਤੋਲੁ ॥੭॥ ਕਥਨੈ ਕਹਣਿ ਨ ਛੁਟੀਐ ਨਾ ਪੜਿ ਪੁਸਤਕ ਭਾਰ ॥ ਕਾਇਆ ਸੋਚ ਨ ਪਾਈਐ ਬਿਨੁ ਹਰਿ ਭਗਤਿ ਪਿਆਰ ॥ ਨਾਨਕ ਨਾਮੁ ਨ ਵੀਸਰੈ ਮੇਲੇ ਗੁਰੁ ਕਰਤਾਰ ॥੮॥੯॥

ਸਿਰੀਰਾਗੁ ਮਹਲਾ ੧ ॥ ਸਤਿਗੁਰੁ ਪੂਰਾ ਜੇ ਮਿਲੈ ਪਾਈਐ ਰਤਨੁ ਬੀਚਾਰੁ ॥ ਮਨੁ ਦੀਜੈ ਗੁਰ ਆਪਣੇ ਪਾਈਐ ਸਰਬ ਪਿਆਰੁ ॥ ਮੁਕਤਿ ਪਦਾਰਥੁ ਪਾਈਐ ਅਵਗਣ ਮੇਟਣਹਾਰੁ ॥੧॥ ਭਾਈ ਰੇ ਗੁਰ ਬਿਨੁ ਗਿਆਨੁ ਨ ਹੋਇ ॥ ਪੂਛਹੁ ਬ੍ਰਹਮੇ ਨਾਰਦੈ ਬੇਦ ਬਿਆਸੈ ਕੋਇ ॥੧॥ ਰਹਾਉ ॥ ਗਿਆਨੁ ਧਿਆਨੁ ਧੁਨਿ ਜਾਣੀਐ ਅਕਥੁ ਕਹਾਵੈ ਸੋਇ ॥ ਸਫਲਿਓ ਬਿਰਖੁ ਹਰੀਆਵਲਾ ਛਾਵ ਘਣੇਰੀ ਹੋਇ ॥ ਲਾਲ ਜਵੇਹਰ ਮਾਣਕੀ ਗੁਰ ਭੰਡਾਰੈ ਸੋਇ ॥੨॥ ਗੁਰ ਭੰਡਾਰੈ ਪਾਈਐ ਨਿਰਮਲ ਨਾਮ ਪਿਆਰੁ ॥ ਸਾਚੋ ਵਖਰੁ ਸੰਚੀਐ ਪੂਰੈ ਕਰਮਿ ਅਪਾਰੁ ॥ ਸੁਖਦਾਤਾ ਦੁਖ ਮੇਟਣੋ ਸਤਿਗੁਰੁ ਅਸੁਰ ਸੰਘਾਰੁ ॥੩॥ ਭਵਜਲੁ ਬਿਖਮੁ ਡਰਾਵਣੋ ਨਾ ਕੰਧੀ ਨਾ ਪਾਰੁ ॥ ਨਾ ਬੇੜੀ

ਨਾ ਤੁਲਹੜਾ ਨਾ ਤਿਸੁ ਵੰਝੁ ਮਲਾਰੁ ॥ ਸਤਿਗੁਰੁ ਭੈ ਕਾ ਬੋਹਿਥਾ ਨਦਰੀ ਪਾਰਿ ਉਤਾਰੁ ॥੪॥ ਇਕੁ ਤਿਲੁ ਪਿਆਰਾ ਵਿਸਰੈ ਦੁਖੁ ਲਾਗੈ ਸੁਖੁ ਜਾਇ ॥ ਜਿਹਵਾ ਜਲਉ ਜਲਾਵਣੀ ਨਾਮੁ ਨ ਜਪੈ ਰਸਾਇ ॥ ਘਟੁ ਬਿਨਸੈ ਦੁਖੁ ਅਗਲੋ ਜਮੁ ਪਕੜੈ ਪਛੁਤਾਇ ॥੫॥ ਮੇਰੀ ਮੇਰੀ ਕਰਿ ਗਏ ਤਨੁ ਧਨੁ ਕਲਤੁ ਨ ਸਾਥਿ ॥ ਬਿਨੁ ਨਾਵੈ ਧਨੁ ਬਾਦਿ ਹੈ ਭੂਲੋ ਮਾਰਗਿ ਆਥਿ ॥ ਸਾਚਉ ਸਾਹਿਬੁ ਸੇਵੀਐ ਗੁਰਮੁਖਿ ਅਕਥੋ ਕਾਥਿ ॥੬॥ ਆਵੈ ਜਾਇ ਭਵਾਈਐ ਪਇਐ ਕਿਰਤਿ ਕਮਾਇ ॥ ਪੂਰਬਿ ਲਿਖਿਆ ਕਿਉ ਮੇਟੀਐ ਲਿਖਿਆ ਲੇਖੁ ਰਜਾਇ ॥ ਬਿਨੁ ਹਰਿ ਨਾਮ ਨ ਛੁਟੀਐ ਗੁਰਮਤਿ ਮਿਲੈ ਮਿਲਾਇ ॥੭॥ ਤਿਸੁ ਬਿਨੁ ਮੇਰਾ ਕੋ ਨਹੀ ਜਿਸ ਕਾ ਜੀਉ ਪਰਾਨੁ ॥ ਹਉਮੈ ਮਮਤਾ ਜਲਿ ਬਲਉ ਲੋਭੁ ਜਲਉ ਅਭਿਮਾਨੁ ॥ ਨਾਨਕ ਸਬਦੁ ਵੀਚਾਰੀਐ ਪਾਈਐ ਗੁਣੀ ਨਿਧਾਨੁ ॥੮॥੧੦॥

ਸਿਰੀਰਾਗੁ ਮਹਲਾ ੧ ॥ ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਜਲ ਕਮਲੇਹਿ ॥ ਲਹਰੀ ਨਾਲਿ ਪਛਾੜੀਐ ਭੀ ਵਿਗਸੈ ਅਸਨੇਹਿ ॥ ਜਲ ਮਹਿ ਜੀਅ ਉਪਾਇ ਕੈ ਬਿਨੁ ਜਲ ਮਰਣੁ ਤਿਨੇਹਿ ॥੧॥ ਮਨ ਰੇ ਕਿਉ ਛੂਟਹਿ ਬਿਨੁ ਪਿਆਰ ॥ ਗੁਰਮੁਖਿ ਅੰਤਰਿ ਰਵਿ ਰਹਿਆ ਬਖਸੇ ਭਗਤਿ ਭੰਡਾਰ ॥੧॥ ਰਹਾਉ ॥ ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਮਛੁਲੀ ਨੀਰ ॥ ਜਿਉ ਅਧਿਕਉ ਤਿਉ ਸੁਖੁ ਘਣੋ ਮਨਿ ਤਨਿ ਸਾਂਤਿ ਸਰੀਰ ॥ ਬਿਨੁ ਜਲ ਘੜੀ ਨ ਜੀਵਈ ਪ੍ਰਭੁ ਜਾਣੈ ਅਭ ਪੀਰ ॥੨॥ ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਚਾਤ੍ਰਿਕ ਮੇਹ ॥ ਸਰ ਭਰਿ ਥਲ ਹਰੀਆਵਲੇ ਇਕ ਬੂੰਦ ਨ ਪਵਈ ਕੇਹ ॥ ਕਰਮਿ ਮਿਲੈ ਸੋ ਪਾਈਐ ਕਿਰਤੁ ਪਇਆ ਸਿਰਿ ਦੇਹ ॥੩॥ ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਜਲ ਦੁਧ ਹੋਇ ॥ ਆਵਟਣੁ ਆਪੇ ਖਵੈ ਦੁਧ ਕਉ ਖਪਣਿ ਨ ਦੇਇ ॥ ਆਪੇ ਮੇਲਿ ਵਿਛੁੰਨਿਆ ਸਚਿ ਵਡਿਆਈ ਦੇਇ ॥੪॥ ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਚਕਵੀ ਸੂਰ ॥ ਖਿਨੁ ਪਲੁ ਨੀਦ ਨ ਸੋਵਈ ਜਾਣੈ ਦੂਰਿ ਹਜੂਰਿ ॥ ਮਨਮੁਖਿ ਸੋਝੀ ਨਾ ਪਵੈ ਗੁਰਮੁਖਿ ਸਦਾ ਹਜੂਰਿ ॥੫॥ ਮਨਮੁਖਿ ਗਣਤ ਗਣਾਵਣੀ ਕਰਤਾ ਕਰੇ ਸੁ ਹੋਇ ॥ ਤਾ ਕੀ ਕੀਮਤਿ ਨਾ ਪਵੈ ਜੇ ਲੋਚੈ ਸਭੁ ਕੋਇ ॥ ਗੁਰਮਤਿ ਹੋਇ ਤ ਪਾਈਐ ਸਚਿ ਮਿਲੈ ਸੁਖੁ ਹੋਇ ॥੬॥ ਸਚਾ ਨੇਹੁ ਨ ਤੁਟਈ ਜੇ ਸਤਿਗੁਰੁ ਭੇਟੈ ਸੋਇ ॥ ਗਿਆਨ ਪਦਾਰਥੁ ਪਾਈਐ ਤ੍ਰਿਭਵਣ ਸੋਝੀ ਹੋਇ ॥ ਨਿਰਮਲੁ ਨਾਮੁ ਨ ਵੀਸਰੈ ਜੇ

ਗੁਣ ਕਾ ਗਾਹਕੁ ਹੋਇ ॥੭॥ ਖੇਲਿ ਗਏ ਸੇ ਪੰਖਣੂੰ ਜੋ ਚੁਗਦੇ ਸਰ ਤਲਿ ॥ ਘੜੀ ਕਿ ਮੁਹਤਿ ਕਿ ਚਲਣਾ ਖੇਲਣੁ ਅਜੁ ਕਿ ਕਲਿ ॥ ਜਿਸੁ ਤੂੰ ਮੇਲਹਿ ਸੋ ਮਿਲੈ ਜਾਇ ਸਚਾ ਪਿੜੁ ਮਲਿ ॥੮॥ ਬਿਨੁ ਗੁਰ ਪ੍ਰੀਤਿ ਨ ਊਪਜੈ ਹਉਮੈ ਮੈਲੁ ਨ ਜਾਇ ॥ ਸੋਹੰ ਆਪੁ ਪਛਾਣੀਐ ਸਬਦਿ ਭੇਦਿ ਪਤੀਆਇ ॥ ਗੁਰਮੁਖਿ ਆਪੁ ਪਛਾਣੀਐ ਅਵਰ ਕਿ ਕਰੇ ਕਰਾਇ ॥੯॥ ਮਿਲਿਆ ਕਾ ਕਿਆ ਮੇਲੀਐ ਸਬਦਿ ਮਿਲੇ ਪਤੀਆਇ ॥ ਮਨਮੁਖਿ ਸੋਝੀ ਨਾ ਪਵੈ ਵੀਛੁੜਿ ਚੋਟਾ ਖਾਇ ॥ ਨਾਨਕ ਦਰੁ ਘਰੁ ਏਕੁ ਹੈ ਅਵਰੁ ਨ ਦੂਜੀ ਜਾਇ ॥੧੦॥੧੧॥ ਸਿਰੀਰਾਗੁ ਮਹਲਾ ੧ ॥ ਮਨਮੁਖਿ ਭੁਲੈ ਭੁਲਾਈਐ ਭੂਲੀ ਠਉਰ ਨ ਕਾਇ ॥ ਗੁਰ ਬਿਨੁ ਕੋ ਨ ਦਿਖਾਵਈ ਅੰਧੀ ਆਵੈ ਜਾਇ ॥ ਗਿਆਨ ਪਦਾਰਥੁ ਖੋਇਆ ਠਗਿਆ ਮੁਠਾ ਜਾਇ ॥੧॥ ਬਾਬਾ ਮਾਇਆ ਭਰਮਿ ਭੁਲਾਇ ॥ ਭਰਮਿ ਭੁਲੀ ਡੋਹਾਗਣੀ ਨਾ ਪਿਰ ਅੰਕਿ ਸਮਾਇ ॥੧॥ ਰਹਾਉ ॥ ਭੂਲੀ ਫਿਰੈ ਦਿਸੰਤਰੀ ਭੂਲੀ ਗ੍ਰਿਹੁ ਤਜਿ ਜਾਇ ॥ ਭੂਲੀ ਡੂੰਗਰਿ ਥਲਿ ਚੜੈ ਭਰਮੈ ਮਨੁ ਡੋਲਾਇ ॥ ਧੁਰਹੁ ਵਿਛੁੰਨੀ ਕਿਉ ਮਿਲੈ ਗਰਬਿ ਮੁਠੀ ਬਿਲਲਾਇ ॥੨॥ ਵਿਛੁੜਿਆ ਗੁਰੁ ਮੇਲਸੀ ਹਰਿ ਰਸਿ ਨਾਮ ਪਿਆਰਿ ॥ ਸਾਚਿ ਸਹਜਿ ਸੋਭਾ ਘਣੀ ਹਰਿ ਗੁਣ ਨਾਮ ਅਧਾਰਿ ॥ ਜਿਉ ਭਾਵੈ ਤਿਉ ਰਖੁ ਤੂੰ ਮੈ ਤੁਝ ਬਿਨੁ ਕਵਨੁ ਭਤਾਰੁ ॥੩॥ ਅਖਰ ਪੜਿ ਪੜਿ ਭੁਲੀਐ ਭੇਖੀ ਬਹੁਤੁ ਅਭਿਮਾਨੁ ॥ ਤੀਰਥ ਨਾਤਾ ਕਿਆ ਕਰੇ ਮਨ ਮਹਿ ਮੈਲੁ ਗੁਮਾਨੁ ॥ ਗੁਰ ਬਿਨੁ ਕਿਨਿ ਸਮਝਾਈਐ ਮਨੁ ਰਾਜਾ ਸੁਲਤਾਨੁ ॥੪॥ ਪ੍ਰੇਮ ਪਦਾਰਥੁ ਪਾਈਐ ਗੁਰਮੁਖਿ ਤਤੁ ਵੀਚਾਰੁ ॥ ਸਾ ਧਨ ਆਪੁ ਗਵਾਇਆ ਗੁਰ ਕੈ ਸਬਦਿ ਸੀਗਾਰੁ ॥ ਘਰ ਹੀ ਸੋ ਪਿਰੁ ਪਾਇਆ ਗੁਰ ਕੈ ਹੇਤਿ ਅਪਾਰੁ ॥੫॥ ਗੁਰ ਕੀ ਸੇਵਾ ਚਾਕਰੀ ਮਨੁ ਨਿਰਮਲੁ ਸੁਖੁ ਹੋਇ ॥ ਗੁਰ ਕਾ ਸਬਦੁ ਮਨਿ ਵਸਿਆ ਹਉਮੈ ਵਿਚਹੁ ਖੋਇ ॥ ਨਾਮੁ ਪਦਾਰਥੁ ਪਾਇਆ ਲਾਭੁ ਸਦਾ ਮਨਿ ਹੋਇ ॥੬॥ ਕਰਮਿ ਮਿਲੈ ਤਾ ਪਾਈਐ ਆਪਿ ਨ ਲਇਆ ਜਾਇ ॥ ਗੁਰ ਕੀ ਚਰਣੀ ਲਗਿ ਰਹੁ ਵਿਚਹੁ ਆਪੁ ਗਵਾਇ ॥ ਸਚੇ ਸੇਤੀ ਰਤਿਆ ਸਚੋ ਪਲੈ ਪਾਇ ॥੭॥ ਭੁਲਣ ਅੰਦਰਿ ਸਭੁ ਕੋ ਅਭੁਲੁ ਗੁਰੂ ਕਰਤਾਰੁ ॥ ਗੁਰਮਤਿ ਮਨੁ ਸਮਝਾਇਆ ਲਾਗਾ ਤਿਸੈ ਪਿਆਰੁ ॥ ਨਾਨਕ ਸਾਚੁ ਨ ਵੀਸਰੈ ਮੇਲੇ ਸਬਦੁ ਅਪਾਰੁ ॥੮॥੧੨॥ ਸਿਰੀਰਾਗੁ ਮਹਲਾ ੧ ॥ ਤ੍ਰਿਸਨਾ ਮਾਇਆ ਮੋਹਣੀ ਸੁਤ ਬੰਧਪ ਘਰ ਨਾਰਿ ॥ ਧਨਿ ਜੋਬਨਿ ਜਗੁ ਠਗਿਆ ਲਬਿ ਲੋਭਿ ਅਹੰਕਾਰਿ ॥ ਮੋਹ ਠਗਉਲੀ

ਹਉ ਮੁਈ ਸਾ ਵਰਤੈ ਸੰਸਾਰਿ ॥੧॥ ਮੇਰੇ ਪ੍ਰੀਤਮਾ ਮੈ ਤੁਝ ਬਿਨੁ ਅਵਰੁ ਨ ਕੋਇ ॥ ਮੈ ਤੁਝ ਬਿਨੁ ਅਵਰੁ ਨ ਭਾਵਈ ਤੂੰ ਭਾਵਹਿ ਸੁਖੁ ਹੋਇ ॥੧॥ ਰਹਾਉ ॥ ਨਾਮੁ ਸਾਲਾਹੀ ਰੰਗ ਸਿਉ ਗੁਰ ਕੈ ਸਬਦਿ ਸੰਤੋਖੁ ॥ ਜੋ ਦੀਸੈ ਸੋ ਚਲਸੀ ਕੂੜਾ ਮੋਹੁ ਨ ਵੇਖੁ ॥ ਵਾਟ ਵਟਾਊ ਆਇਆ ਨਿਤ ਚਲਦਾ ਸਾਥੁ ਦੇਖੁ ॥੨॥ ਆਖਣਿ ਆਖਹਿ ਕੇਤੜੇ ਗੁਰ ਬਿਨੁ ਬੂਝ ਨ ਹੋਇ ॥ ਨਾਮੁ ਵਡਾਈ ਜੇ ਮਿਲੈ ਸਚਿ ਰਪੈ ਪਤਿ ਹੋਇ ॥ ਜੋ ਤੁਧੁ ਭਾਵਹਿ ਸੇ ਭਲੇ ਖੋਟਾ ਖਰਾ ਨ ਕੋਇ ॥੩॥ ਗੁਰ ਸਰਣਾਈ ਛੁਟੀਐ ਮਨਮੁਖ ਖੋਟੀ ਰਾਸਿ ॥ ਅਸਟ ਧਾਤੁ ਪਾਤਿਸਾਹ ਕੀ ਘੜੀਐ ਸਬਦਿ ਵਿਗਾਸਿ ॥ ਆਪੇ ਪਰਖੇ ਪਾਰਖੂ ਪਵੈ ਖਜਾਨੈ ਰਾਸਿ ॥੪॥ ਤੇਰੀ ਕੀਮਤਿ ਨਾ ਪਵੈ ਸਭ ਡਿਠੀ ਠੋਕਿ ਵਜਾਇ ॥ ਕਹਣੈ ਹਾਥ ਨ ਲਭਈ ਸਚਿ ਟਿਕੈ ਪਤਿ ਪਾਇ ॥ ਗੁਰਮਤਿ ਤੂੰ ਸਾਲਾਹਣਾ ਹੋਰੁ ਕੀਮਤਿ ਕਹਣੁ ਨ ਜਾਇ ॥੫॥ ਜਿਤੁ ਤਨਿ ਨਾਮੁ ਨ ਭਾਵਈ ਤਿਤੁ ਤਨਿ ਹਉਮੈ ਵਾਦੁ ॥ ਗੁਰ ਬਿਨੁ ਗਿਆਨੁ ਨ ਪਾਈਐ ਬਿਖਿਆ ਦੂਜਾ ਸਾਦੁ ॥ ਬਿਨੁ ਗੁਣ ਕਾਮਿ ਨ ਆਵਈ ਮਾਇਆ ਫੀਕਾ ਸਾਦੁ ॥੬॥ ਆਸਾ ਅੰਦਰਿ ਜੰਮਿਆ ਆਸਾ ਰਸ ਕਸ ਖਾਇ ॥ ਆਸਾ ਬੰਧਿ ਚਲਾਈਐ ਮੁਹੇ ਮੁਹਿ ਚੋਟਾ ਖਾਇ ॥ ਅਵਗਣਿ ਬਧਾ ਮਾਰੀਐ ਛੂਟੈ ਗੁਰਮਤਿ ਨਾਇ ॥੭॥ ਸਰਬੇ ਥਾਈ ਏਕੁ ਤੂੰ ਜਿਉ ਭਾਵੈ ਤਿਉ ਰਾਖੁ ॥ ਗੁਰਮਤਿ ਸਾਚਾ ਮਨਿ ਵਸੈ ਨਾਮੁ ਭਲੋ ਪਤਿ ਸਾਖੁ ॥ ਹਉਮੈ ਰੋਗੁ ਗਵਾਈਐ ਸਬਦਿ ਸਚੈ ਸਚੁ ਭਾਖੁ ॥੮॥ ਆਕਾਸੀ ਪਾਤਾਲਿ ਤੂੰ ਤ੍ਰਿਭਵਣਿ ਰਹਿਆ ਸਮਾਇ ॥ ਆਪੇ ਭਗਤੀ ਭਾਉ ਤੂੰ ਆਪੇ ਮਿਲਹਿ ਮਿਲਾਇ ॥ ਨਾਨਕ ਨਾਮੁ ਨ ਵੀਸਰੈ ਜਿਉ ਭਾਵੈ ਤਿਵੈ ਰਜਾਇ ॥੯॥੧੩॥ ਸਿਰੀਰਾਗੁ ਮਹਲਾ ੧ ॥ ਰਾਮ ਨਾਮਿ ਮਨੁ ਬੇਧਿਆ ਅਵਰੁ ਕਿ ਕਰੀ ਵੀਚਾਰੁ ॥ ਸਬਦ ਸੁਰਤਿ ਸੁਖੁ ਊਪਜੈ ਪ੍ਰਭ ਰਾਤਉ ਸੁਖ ਸਾਰੁ ॥ ਜਿਉ ਭਾਵੈ ਤਿਉ ਰਾਖੁ ਤੂੰ ਮੈ ਹਰਿ ਨਾਮੁ ਅਧਾਰੁ ॥੧॥ ਮਨ ਰੇ ਸਾਚੀ ਖਸਮ ਰਜਾਇ ॥ ਜਿਨਿ ਤਨੁ ਮਨੁ ਸਾਜਿ ਸੀਗਾਰਿਆ ਤਿਸੁ ਸੇਤੀ ਲਿਵ ਲਾਇ ॥੧॥ ਰਹਾਉ ॥ ਤਨੁ ਬੈਸੰਤਰਿ ਹੋਮੀਐ ਇਕ ਰਤੀ ਤੋਲਿ ਕਟਾਇ ॥ ਤਨੁ ਮਨੁ ਸਮਧਾ ਜੇ ਕਰੀ ਅਨਦਿਨੁ ਅਗਨਿ ਜਲਾਇ ॥ ਹਰਿ ਨਾਮੈ ਤੁਲਿ ਨ ਪੁਜਈ ਜੇ ਲਖ ਕੋਟੀ ਕਰਮ ਕਮਾਇ ॥੨॥ ਅਰਧ ਸਰੀਰੁ ਕਟਾਈਐ ਸਿਰਿ ਕਰਵਤੁ ਧਰਾਇ ॥ ਤਨੁ ਹੈਮੰਚਲਿ ਗਾਲੀਐ ਭੀ ਮਨ ਤੇ ਰੋਗੁ ਨ ਜਾਇ ॥ ਹਰਿ ਨਾਮੈ ਤੁਲਿ ਨ ਪੁਜਈ ਸਭ ਡਿਠੀ ਠੋਕਿ ਵਜਾਇ ॥੩॥

ਕੰਚਨ ਕੇ ਕੋਟ ਦਤੁ ਕਰੀ ਬਹੁ ਹੈਵਰ ਗੈਵਰ ਦਾਨੁ ॥ ਭੂਮਿ ਦਾਨੁ ਗਊਆ ਘਣੀ ਭੀ ਅੰਤਰਿ ਗਰਬੁ ਗੁਮਾਨੁ ॥ ਰਾਮ ਨਾਮਿ ਮਨੁ ਬੇਧਿਆ ਗੁਰਿ ਦੀਆ ਸਚੁ ਦਾਨੁ ॥੪॥ ਮਨਹਠ ਬੁਧੀ ਕੇਤੀਆ ਕੇਤੇ ਬੇਦ ਬੀਚਾਰ ॥ ਕੇਤੇ ਬੰਧਨ ਜੀਅ ਕੇ ਗੁਰਮੁਖਿ ਮੋਖ ਦੁਆਰ ॥ ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ ॥੫॥ ਸਭੁ ਕੋ ਊਚਾ ਆਖੀਐ ਨੀਚੁ ਨ ਦੀਸੈ ਕੋਇ ॥ ਇਕਨੈ ਭਾਂਡੇ ਸਾਜਿਐ ਇਕੁ ਚਾਨਣੁ ਤਿਹੁ ਲੋਇ ॥ ਕਰਮਿ ਮਿਲੈ ਸਚੁ ਪਾਈਐ ਧੁਰਿ ਬਖਸ ਨ ਮੇਟੈ ਕੋਇ ॥੬॥ ਸਾਧੁ ਮਿਲੈ ਸਾਧੂ ਜਨੈ ਸੰਤੋਖੁ ਵਸੈ ਗੁਰ ਭਾਇ ॥ ਅਕਥ ਕਥਾ ਵੀਚਾਰੀਐ ਜੇ ਸਤਿਗੁਰ ਮਾਹਿ ਸਮਾਇ ॥ ਪੀ ਅੰਮ੍ਰਿਤੁ ਸੰਤੋਖਿਆ ਦਰਗਹਿ ਪੈਧਾ ਜਾਇ ॥੭॥ ਘਟਿ ਘਟਿ ਵਾਜੈ ਕਿੰਗੁਰੀ ਅਨਦਿਨੁ ਸਬਦਿ ਸੁਭਾਇ ॥ ਵਿਰਲੇ ਕਉ ਸੋਝੀ ਪਈ ਗੁਰਮੁਖਿ ਮਨੁ ਸਮਝਾਇ ॥ ਨਾਨਕ ਨਾਮੁ ਨ ਵੀਸਰੈ ਛੂਟੈ ਸਬਦੁ ਕਮਾਇ ॥੮॥੧੪॥ ਸਿਰੀਰਾਗੁ ਮਹਲਾ ੧ ॥ ਚਿਤੇ ਦਿਸਹਿ ਧਉਲਹਰ ਬਗੇ ਬੰਕ ਦੁਆਰ ॥ ਕਰਿ ਮਨ ਖੁਸੀ ਉਸਾਰਿਆ ਦੂਜੈ ਹੇਤਿ ਪਿਆਰਿ ॥ ਅੰਦਰੁ ਖਾਲੀ ਪ੍ਰੇਮ ਬਿਨੁ ਢਹਿ ਢੇਰੀ ਤਨੁ ਛਾਰੁ ॥੧॥ ਭਾਈ ਰੇ ਤਨੁ ਧਨੁ ਸਾਥਿ ਨ ਹੋਇ ॥ ਰਾਮ ਨਾਮੁ ਧਨੁ ਨਿਰਮਲੋ ਗੁਰੁ ਦਾਤਿ ਕਰੇ ਪ੍ਰਭੁ ਸੋਇ ॥੧॥ ਰਹਾਉ ॥ ਰਾਮ ਨਾਮੁ ਧਨੁ ਨਿਰਮਲੋ ਜੇ ਦੇਵੈ ਦੇਵਣਹਾਰੁ ॥ ਆਗੈ ਪੂਛ ਨ ਹੋਵਈ ਜਿਸੁ ਬੇਲੀ ਗੁਰੁ ਕਰਤਾਰੁ ॥ ਆਪਿ ਛਡਾਏ ਛੁਟੀਐ ਆਪੇ ਬਖਸਣਹਾਰੁ ॥੨॥ ਮਨਮੁਖੁ ਜਾਣੈ ਆਪਣੇ ਧੀਆ ਪੂਤ ਸੰਜੋਗੁ ॥ ਨਾਰੀ ਦੇਖਿ ਵਿਗਾਸੀਅਹਿ ਨਾਲੇ ਹਰਖੁ ਸੁ ਸੋਗੁ ॥ ਗੁਰਮੁਖਿ ਸਬਦਿ ਰੰਗਾਵਲੇ ਅਹਿਨਿਸਿ ਹਰਿ ਰਸੁ ਭੋਗੁ ॥੩॥ ਚਿਤੁ ਚਲੈ ਵਿਤੁ ਜਾਵਣੋ ਸਾਕਤ ਡੋਲਿ ਡੋਲਾਇ ॥ ਬਾਹਰਿ ਢੂੰਢਿ ਵਿਗੁਚੀਐ ਘਰ ਮਹਿ ਵਸਤੁ ਸੁਥਾਇ ॥ ਮਨਮੁਖਿ ਹਉਮੈ ਕਰਿ ਮੁਸੀ ਗੁਰਮੁਖਿ ਪਲੈ ਪਾਇ ॥੪॥ ਸਾਕਤ ਨਿਰਗੁਣਿਆਰਿਆ ਆਪਣਾ ਮੂਲੁ ਪਛਾਣੁ ॥ ਰਕਤੁ ਬਿੰਦੁ ਕਾ ਇਹੁ ਤਨੋ ਅਗਨੀ ਪਾਸਿ ਪਿਰਾਣੁ ॥ ਪਵਣੈ ਕੈ ਵਸਿ ਦੇਹੁਰੀ ਮਸਤਕਿ ਸਚੁ ਨੀਸਾਣੁ ॥੫॥ ਬਹੁਤਾ ਜੀਵਣੁ ਮੰਗੀਐ ਮੁਆ ਨ ਲੋੜੈ ਕੋਇ ॥ ਸੁਖ ਜੀਵਣੁ ਤਿਸੁ ਆਖੀਐ ਜਿਸੁ ਗੁਰਮੁਖਿ ਵਸਿਆ ਸੋਇ ॥ ਨਾਮ ਵਿਹੂਣੇ ਕਿਆ ਗਣੀ ਜਿਸੁ ਹਰਿ ਗੁਰ ਦਰਸੁ ਨ ਹੋਇ ॥੬॥ ਜਿਉ ਸੁਪਨੈ ਨਿਸਿ ਭੁਲੀਐ ਜਬ ਲਗਿ ਨਿਦ੍ਰਾ ਹੋਇ ॥ ਇਉ ਸਰਪਨਿ ਕੈ ਵਸਿ ਜੀਅੜਾ ਅੰਤਰਿ ਹਉਮੈ ਦੋਇ ॥ ਗੁਰਮਤਿ ਹੋਇ ਵੀਚਾਰੀਐ ਸੁਪਨਾ ਇਹੁ ਜਗੁ ਲੋਇ ॥੭॥

ਅਗਨਿ ਮਰੈ ਜਲੁ ਪਾਈਐ ਜਿਉ ਬਾਰਿਕ ਦੂਧੈ ਮਾਇ ॥ ਬਿਨੁ ਜਲ ਕਮਲ ਸੁ ਨਾ ਥੀਐ ਬਿਨੁ ਜਲ ਮੀਨੁ ਮਰਾਇ ॥ ਨਾਨਕ ਗੁਰਮੁਖਿ ਹਰਿ ਰਸਿ ਮਿਲੈ ਜੀਵਾ ਹਰਿ ਗੁਣ ਗਾਇ ॥੮॥੧੫॥ ਸਿਰੀਰਾਗੁ ਮਹਲਾ ੧ ॥ ਡੂੰਗਰੁ ਦੇਖਿ ਡਰਾਵਣੋ ਪੇਈਅੜੈ ਡਰੀਆਸੁ ॥ ਊਚਉ ਪਰਬਤੁ ਗਾਖੜੋ ਨਾ ਪਉੜੀ ਤਿਤੁ ਤਾਸੁ ॥ ਗੁਰਮੁਖਿ ਅੰਤਰਿ ਜਾਣਿਆ ਗੁਰਿ ਮੇਲੀ ਤਰੀਆਸੁ ॥੧॥ ਭਾਈ ਰੇ ਭਵਜਲੁ ਬਿਖਮੁ ਡਰਾਂਉ ॥ ਪੂਰਾ ਸਤਿਗੁਰੁ ਰਸਿ ਮਿਲੈ ਗੁਰੁ ਤਾਰੇ ਹਰਿ ਨਾਉ ॥੧॥ ਰਹਾਉ ॥ ਚਲਾ ਚਲਾ ਜੇ ਕਰੀ ਜਾਣਾ ਚਲਣਹਾਰੁ ॥ ਜੋ ਆਇਆ ਸੋ ਚਲਸੀ ਅਮਰੁ ਸੁ ਗੁਰੁ ਕਰਤਾਰੁ ॥ ਭੀ ਸਚਾ ਸਾਲਾਹਣਾ ਸਚੈ ਥਾਨਿ ਪਿਆਰੁ ॥੨॥ ਦਰ ਘਰ ਮਹਲਾ ਸੋਹਣੇ ਪਕੇ ਕੋਟ ਹਜਾਰ ॥ ਹਸਤੀ ਘੋੜੇ ਪਾਖਰੇ ਲਸਕਰ ਲਖ ਅਪਾਰ ॥ ਕਿਸ ਹੀ ਨਾਲਿ ਨ ਚਲਿਆ ਖਪਿ ਖਪਿ ਮੁਏ ਅਸਾਰ ॥੩॥ ਸੁਇਨਾ ਰੁਪਾ ਸੰਚੀਐ ਮਾਲੁ ਜਾਲੁ ਜੰਜਾਲੁ ॥ ਸਭ ਜਗ ਮਹਿ ਦੋਹੀ ਫੇਰੀਐ ਬਿਨੁ ਨਾਵੈ ਸਿਰਿ ਕਾਲੁ ॥ ਪਿੰਡੁ ਪੜੈ ਜੀਉ ਖੇਲਸੀ ਬਦਫੈਲੀ ਕਿਆ ਹਾਲੁ ॥੪॥ ਪੁਤਾ ਦੇਖਿ ਵਿਗਸੀਐ ਨਾਰੀ ਸੇਜ ਭਤਾਰ ॥ ਚੋਆ ਚੰਦਨੁ ਲਾਈਐ ਕਾਪੜੁ ਰੂਪੁ ਸੀਗਾਰੁ ॥ ਖੇਹੂ ਖੇਹ ਰਲਾਈਐ ਛੋਡਿ ਚਲੈ ਘਰ ਬਾਰੁ ॥੫॥ ਮਹਰ ਮਲੂਕ ਕਹਾਈਐ ਰਾਜਾ ਰਾਉ ਕਿ ਖਾਨੁ ॥ ਚਉਧਰੀ ਰਾਉ ਸਦਾਈਐ ਜਲਿ ਬਲੀਐ ਅਭਿਮਾਨ ॥ ਮਨਮੁਖਿ ਨਾਮੁ ਵਿਸਾਰਿਆ ਜਿਉ ਡਵਿ ਦਧਾ ਕਾਨੁ ॥੬॥ ਹਉਮੈ ਕਰਿ ਕਰਿ ਜਾਇਸੀ ਜੋ ਆਇਆ ਜਗ ਮਾਹਿ ॥ ਸਭੁ ਜਗੁ ਕਾਜਲ ਕੋਠੜੀ ਤਨੁ ਮਨੁ ਦੇਹ ਸੁਆਹਿ ॥ ਗੁਰਿ ਰਾਖੇ ਸੇ ਨਿਰਮਲੇ ਸਬਦਿ ਨਿਵਾਰੀ ਭਾਹਿ ॥੭॥ ਨਾਨਕ ਤਰੀਐ ਸਚਿ ਨਾਮਿ ਸਿਰਿ ਸਾਹਾ ਪਾਤਿਸਾਹੁ ॥ ਮੈ ਹਰਿ ਨਾਮੁ ਨ ਵੀਸਰੈ ਹਰਿ ਨਾਮੁ ਰਤਨੁ ਵੇਸਾਹੁ ॥ ਮਨਮੁਖ ਭਉਜਲਿ ਪਚਿ ਮੁਏ ਗੁਰਮੁਖਿ ਤਰੇ ਅਥਾਹੁ ॥੮॥੧੬॥ ਸਿਰੀਰਾਗੁ ਮਹਲਾ ੧ ਘਰੁ ੨ ॥ ਮੁਕਾਮੁ ਕਰਿ ਘਰਿ ਬੈਸਣਾ ਨਿਤ ਚਲਣੈ ਕੀ ਧੋਖ ॥ ਮੁਕਾਮੁ ਤਾ ਪਰੁ ਜਾਣੀਐ ਜਾ ਰਹੈ ਨਿਹਚਲੁ ਲੋਕ ॥੧॥ ਦੁਨੀਆ ਕੈਸਿ ਮੁਕਾਮੇ ॥ ਕਰਿ ਸਿਦਕੁ ਕਰਣੀ ਖਰਚੁ ਬਾਧਹੁ ਲਾਗਿ ਰਹੁ ਨਾਮੇ ॥੧॥ ਰਹਾਉ ॥ ਜੋਗੀ ਤ ਆਸਣੁ ਕਰਿ ਬਹੈ ਮੁਲਾ ਬਹੈ ਮੁਕਾਮਿ ॥ ਪੰਡਿਤ ਵਖਾਣਹਿ ਪੋਥੀਆ ਸਿਧ ਬਹਹਿ ਦੇਵ ਸਥਾਨਿ ॥੨॥ ਸੁਰ ਸਿਧ ਗਣ ਗੰਧਰਬ ਮੁਨਿ ਜਨ ਸੇਖ ਪੀਰ ਸਲਾਰ ॥ ਦਰਿ ਕੂਚ ਕੂਚਾ ਕਰਿ ਗਏ ਅਵਰੇ ਭਿ ਚਲਣਹਾਰ ॥੩॥ ਸੁਲਤਾਨ ਖਾਨ ਮਲੂਕ ਉਮਰੇ ਗਏ ਕਰਿ ਕਰਿ ਕੂਚੁ ॥

ਘੜੀ ਮੁਹਤਿ ਕਿ ਚਲਣਾ ਦਿਲ ਸਮਝੁ ਤੂੰ ਭਿ ਪਹੂਚੁ ॥੪॥ ਸਬਦਾਹ ਮਾਹਿ ਵਖਾਣੀਐ ਵਿਰਲਾ ਤ ਬੂਝੈ ਕੋਇ ॥ ਨਾਨਕੁ ਵਖਾਣੈ ਬੇਨਤੀ ਜਲਿ ਥਲਿ ਮਹੀਅਲਿ ਸੋਇ ॥੫॥ ਅਲਾਹੁ ਅਲਖੁ ਅਗੰਮੁ ਕਾਦਰੁ ਕਰਣਹਾਰੁ ਕਰੀਮੁ ॥ ਸਭ ਦੁਨੀ ਆਵਣ ਜਾਵਣੀ ਮੁਕਾਮੁ ਏਕੁ ਰਹੀਮੁ ॥੬॥ ਮੁਕਾਮੁ ਤਿਸ ਨੋ ਆਖੀਐ ਜਿਸੁ ਸਿਸਿ ਨ ਹੋਵੀ ਲੇਖੁ ॥ ਅਸਮਾਨੁ ਧਰਤੀ ਚਲਸੀ ਮੁਕਾਮੁ ਓਹੀ ਏਕੁ ॥੭॥ ਦਿਨ ਰਵਿ ਚਲੈ ਨਿਸਿ ਸਸਿ ਚਲੈ ਤਾਰਿਕਾ ਲਖ ਪਲੋਇ ॥ ਮੁਕਾਮੁ ਓਹੀ ਏਕੁ ਹੈ ਨਾਨਕਾ ਸਚੁ ਬੁਗੋਇ ॥੮॥੧੭॥ ਮਹਲੇ ਪਹਿਲੇ ਸਤਾਰਹ ਅਸਟਪਦੀਆ ॥

ਅੰਗ 64 ਤੋਂ ਅੰਗ 71 ਤੱਕ ਸਿਰੀਰਾਗੁ ਵਿਚ ਤੀਜੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਅਸਟਪਦੀਆਂ ਰੂਪ ਵਿਚ ਦਰਜ ਹੈ।

ਸਿਰੀਰਾਗੁ ਮਹਲਾ ੧

ਅੰਗ 71 ਤੋਂ ਸਿਰੀਰਾਗੁ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 73 ਤੱਕ ਹੈ।

ੴ ਸਤਿਗੁਰ ਪ੍ਰਸਾਦਿ ॥

ਸਿਰੀਰਾਗੁ ਮਹਲਾ ੧ ਘਰੁ ੩ ॥ ਜੋਗੀ ਅੰਦਰਿ ਜੋਗੀਆ ॥ ਤੂੰ ਭੋਗੀ ਅੰਦਰਿ ਭੋਗੀਆ॥ ਤੇਰਾ ਅੰਤੁ ਨ ਪਾਇਆ ਸੁਰਗਿ ਮਛਿ ਪਇਆਲਿ ਜੀਉ ॥੧॥ ਹਉ ਵਾਰੀ ਹਉ ਵਾਰਣੈ ਕੁਰਬਾਣੁ ਤੇਰੇ ਨਾਵ ਨੋ ॥੧॥ ਰਹਾਉ ॥ ਤੁਧੁ ਸੰਸਾਰੁ ਉਪਾਇਆ ॥ ਸਿਰੇ ਸਿਰਿ

ਧੰਧੇ ਲਾਇਆ ॥ ਵੇਖਹਿ ਕੀਤਾ ਆਪਣਾ ਕਰਿ ਕੁਦਰਤਿ ਪਾਸਾ ਢਾਲਿ ਜੀਉ ॥੨॥ ਪਰਗਟਿ ਪਾਹਾਰੈ ਜਾਪਦਾ ॥ ਸਭੁ ਨਾਵੈ ਨੋ ਪਰਤਾਪਦਾ ॥ ਸਤਿਗੁਰ ਬਾਝੁ ਨ ਪਾਇਓ ਸਭ ਮੋਹੀ ਮਾਇਆ ਜਾਲਿ ਜੀਉ ॥੩॥ ਸਤਿਗੁਰ ਕਉ ਬਲਿ ਜਾਈਐ ॥ ਜਿਤੁ ਮਿਲਿਐ ਪਰਮ ਗਤਿ ਪਾਈਐ ॥ ਸੁਰਿ ਨਰ ਮੁਨਿ ਜਨ ਲੋਚਦੇ ਸੋ ਸਤਿਗੁਰਿ ਦੀਆ ਬੁਝਾਇ ਜੀਉ ॥੪॥ ਸਤਸੰਗਤਿ ਕੈਸੀ ਜਾਣੀਐ ॥ ਜਿਥੈ ਏਕੋ ਨਾਮੁ ਵਖਾਣੀਐ ॥ ਏਕੋ ਨਾਮੁ ਹੁਕਮੁ ਹੈ ਨਾਨਕ ਸਤਿਗੁਰਿ ਦੀਆ ਬੁਝਾਇ ਜੀਉ ॥੫॥ ਇਹੁ ਜਗਤੁ ਭਰਮਿ ਭੁਲਾਇਆ ॥ ਆਪਹੁ ਤੁਧੁ ਖੁਆਇਆ ॥ ਪਰਤਾਪੁ ਲਗਾ ਦੋਹਾਗਣੀ ਭਾਗ ਜਿਨਾ ਕੇ ਨਾਹਿ ਜੀਉ ॥੬॥ ਦੋਹਾਗਣੀ ਕਿਆ ਨੀਸਾਣੀਆ ॥ ਖਸਮਹੁ ਘੁਥੀਆ ਫਿਰਹਿ ਨਿਮਾਣੀਆ ॥ ਮੈਲੇ ਵੇਸ ਤਿਨਾ ਕਾਮਣੀ ਦੁਖੀ ਰੈਣਿ ਵਿਹਾਇ ਜੀਉ ॥੭॥ ਸੋਹਾਗਣੀ ਕਿਆ ਕਰਮੁ ਕਮਾਇਆ ॥ ਪੂਰਬਿ ਲਿਖਿਆ ਫਲੁ ਪਾਇਆ ॥ ਨਦਰਿ ਕਰੇ ਕੈ ਆਪਣੀ ਆਪੇ ਲਏ ਮਿਲਾਇ ਜੀਉ ॥੮॥ ਹੁਕਮੁ ਜਿਨਾ ਨੋ ਮਨਾਇਆ ॥ ਤਿਨ ਅੰਤਰਿ ਸਬਦੁ ਵਸਾਇਆ ॥ ਸਹੀਆ ਸੇ ਸੋਹਾਗਣੀ ਜਿਨ ਸਹ ਨਾਲਿ ਪਿਆਰੁ ਜੀਉ ॥੯॥ ਜਿਨਾ ਭਾਣੇ ਕਾ ਰਸੁ ਆਇਆ ॥ ਤਿਨ ਵਿਚਹੁ ਭਰਮੁ ਚੁਕਾਇਆ ॥ ਨਾਨਕ ਸਤਿਗੁਰੁ ਐਸਾ ਜਾਣੀਐ ਜੋ ਸਭਸੈ ਲਏ ਮਿਲਾਇ ਜੀਉ ॥੧੦॥ ਸਤਿਗੁਰਿ ਮਿਲਿਐ ਫਲੁ ਪਾਇਆ ॥ ਜਿਨਿ ਵਿਚਹੁ ਅਹਕਰਣੁ ਚੁਕਾਇਆ ॥ ਦੁਰਮਤਿ ਕਾ ਦੁਖੁ ਕਟਿਆ ਭਾਗੁ ਬੈਠਾ ਮਸਤਕਿ ਆਇ ਜੀਉ ॥੧੧॥ ਅੰਮ੍ਰਿਤੁ ਤੇਰੀ ਬਾਣੀਆ ॥ ਤੇਰਿਆ ਭਗਤਾ ਰਿਦੈ ਸਮਾਣੀਆ ॥ ਸੁਖ ਸੇਵਾ ਅੰਦਰਿ ਰਖਿਐ ਆਪਣੀ ਨਦਰਿ ਕਰਹਿ ਨਿਸਤਾਰਿ ਜੀਉ ॥੧੨॥ ਸਤਿਗੁਰੁ ਮਿਲਿਆ ਜਾਣੀਐ ॥ ਜਿਤੁ ਮਿਲਿਐ ਨਾਮੁ ਵਖਾਣੀਐ ॥ ਸਤਿਗੁਰ ਬਾਝੁ ਨ ਪਾਇਓ ਸਭ ਥਕੀ ਕਰਮ ਕਮਾਇ ਜੀਉ ॥੧੩॥ ਹਉ ਸਤਿਗੁਰ ਵਿਟਹੁ ਘੁਮਾਇਆ ॥ ਜਿਨਿ ਭ੍ਰਮਿ ਭੁਲਾ ਮਾਰਗਿ ਪਾਇਆ ॥ ਨਦਰਿ ਕਰੇ ਜੇ ਆਪਣੀ ਆਪੇ ਲਏ ਰਲਾਇ ਜੀਉ ॥੧੪॥ ਤੂੰ ਸਭਨਾ ਮਾਹਿ ਸਮਾਇਆ ॥ ਤਿਨਿ ਕਰਤੈ ਆਪੁ ਲੁਕਾਇਆ ॥ ਨਾਨਕ ਗੁਰਮੁਖਿ ਪਰਗਟੁ ਹੋਇਆ ਜਾ ਕਉ ਜੋਤਿ ਧਰੀ ਕਰਤਾਰਿ ਜੀਉ ॥੧੫॥ ਆਪੇ ਖਸਮਿ ਨਿਵਾਜਿਆ ॥ ਜੀਉ ਪਿੰਡੁ ਦੇ ਸਾਜਿਆ ॥ ਆਪਣੇ ਸੇਵਕ ਕੀ ਪੈਜ ਰਖੀਆ ਦੁਇ ਕਰ ਮਸਤਕਿ ਧਾਰਿ ਜੀਉ ॥੧੬॥ ਸਭਿ ਸੰਜਮ ਰਹੇ ਸਿਆਣਪਾ ॥ ਮੇਰਾ ਪ੍ਰਭੁ ਸਭੁ ਕਿਛੁ ਜਾਣਦਾ ॥ ਪ੍ਰਗਟ ਪ੍ਰਤਾਪੁ

ਵਰਤਾਇਓਿ ਸਭੁ ਲੋਕੁ ਕਰੈ ਜੈਕਾਰੁ ਜੀਉ ॥੧੭॥ ਮੇਰੇ ਗੁਣ ਅਵਗਨ ਨ ਬੀਚਾਰਿਆ ॥ ਪ੍ਰਭਿ ਅਪਣਾ ਬਿਰਦੁ ਸਮਾਰਿਆ ॥ ਕੰਠਿ ਲਾਇ ਕੈ ਰਖਿਓਨੁ ਲਗੈ ਨ ਤਤੀ ਵਾਉ ਜੀਉ ॥੧੮॥ ਮੈ ਮਨਿ ਤਨਿ ਪ੍ਰਭੂ ਧਿਆਇਆ ॥ ਜੀਇ ਇਛਿਅੜਾ ਫਲੁ ਪਾਇਆ ॥ ਸਾਹ ਪਾਤਿਸਾਹ ਸਿਰਿ ਖਸਮੁ ਤੂੰ ਜਪਿ ਨਾਨਕ ਜੀਵੈ ਨਾਉ ਜੀਉ ॥੧੯॥ ਤੁਧੁ ਆਪੇ ਆਪੁ ਉਪਾਇਆ ॥ ਦੂਜਾ ਖੇਲੁ ਕਰਿ ਦਿਖਲਾਇਆ ॥ ਸਭੁ ਸਚੋ ਸਚੁ ਵਰਤਦਾ ਜਿਸੁ ਭਾਵੈ ਤਿਸੈ ਬੁਝਾਇ ਜੀਉ ॥੨●॥ ਗੁਰ ਪਰਸਾਦੀ ਪਾਇਆ ॥ ਤਿਥੈ ਮਾਇਆ ਮੋਹੁ ਚੁਕਾਇਆ ॥ ਕਿਰਪਾ ਕਰਿ ਕੈ ਆਪਣੀ ਆਪੇ ਲਏ ਸਮਾਇ ਜੀਉ ॥੨੧॥ ਗੋਪੀ ਨੈ ਗੋਆਲੀਆ ॥ ਤੁਧੁ ਆਪੇ ਗੋਇ ਉਠਾਲੀਆ ॥ ਹੁਕਮੀ ਭਾਂਡੇ ਸਾਜਿਆ ਤੂੰ ਆਪੇ ਭੰਨਿ ਸਵਾਰਿ ਜੀਉ ॥੨੨॥ ਜਿਨ ਸਤਿਗੁਰ ਸਿਉ ਚਿਤੁ ਲਾਇਆ ॥ ਤਿਨੀ ਦੂਜਾ ਭਾਉ ਚੁਕਾਇਆ ॥ ਨਿਰਮਲ ਜੋਤਿ ਤਿਨ ਪ੍ਰਾਣੀਆ ਓਇ ਚਲੇ ਜਨਮੁ ਸਵਾਰਿ ਜੀਉ ॥੨੩॥ ਤੇਰੀਆ ਸਦਾ ਸਦਾ ਚੰਗਿਆਈਆ ॥ ਮੈ ਰਾਤਿ ਦਿਹੈ ਵਡਿਆਈਆਂ ॥ ਅਣਮੰਗਿਆ ਦਾਨੁ ਦੇਵਣਾ ਕਹੁ ਨਾਨਕ ਸਚੁ ਸਮਾਲਿ ਜੀਉ ॥੨੪॥੧॥

ਅੰਗ 73 ਤੋਂ ਅੰਗ 74 ਤੱਕ ਸਿਰੀਰਾਗੁ ਵਿਚ ਪੰਜਵੇਂ ਪਾਤਸ਼ਾਹ ਦੀ ਬਾਣੀ ਦਰਜ ਹੈ।

ਸਿਰੀਰਾਗੁ ਮਹਲਾ ੧ ਪਹਰੇ

ਅੰਗ 74 ਤੋਂ ਅੰਗ 76 ਤੱਕ ਸਿਰੀਰਾਗੁ ਵਿਚ ਪਹਿਲੇ ਪਾਤਸ਼ਾਹ ਦੀ ਪਹਰੇ ਬਾਣੀ ਦਰਜ ਹੈ।

ੴ ਸਤਿਗੁਰ ਪ੍ਰਸਾਦਿ ॥ ਸਿਰੀਰਾਗੁ ਮਹਲਾ ੧ ਪਹਰੇ ਘਰੁ ੧ ॥

ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਹੁਕਮਿ ਪਇਆ ਗਰਭਾਸਿ ॥ ਉਰਧ ਤਪੁ ਅੰਤਰਿ ਕਰੇ ਵਣਜਾਰਿਆ ਮਿਤ੍ਰਾ ਖਸਮ ਸੇਤੀ ਅਰਦਾਸਿ ॥ ਖਸਮ ਸੇਤੀ ਅਰਦਾਸਿ ਵਖਾਣੈ ਉਰਧ ਧਿਆਨਿ ਲਿਵ ਲਾਗਾ ॥ ਨਾ ਮਰਜਾਦੁ ਆਇਆ ਕਲਿ ਭੀਤਰਿ ਬਾਹੁੜਿ ਜਾਸੀ ਨਾਗਾ ॥ ਜੈਸੀ ਕਲਮ ਵੁੜੀ ਹੈ ਮਸਤਕਿ ਤੈਸੀ ਜੀਅੜੇ ਪਾਸਿ ॥ ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਹੁਕਮਿ ਪਇਆ ਗਰਭਾਸਿ ॥੧॥ ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਵਿਸਰਿ ਗਇਆ ਧਿਆਨੁ ॥ ਹਥੋ ਹਥਿ ਨਚਾਈਐ ਵਣਜਾਰਿਆ ਮਿਤ੍ਰਾ ਜਿਉ ਜਸੁਦਾ ਘਰਿ ਕਾਨੁ ॥ ਹਥੋ ਹਥਿ ਨਚਾਈਐ ਪ੍ਰਾਣੀ ਮਾਤ ਕਹੈ ਸੁਤੁ ਮੇਰਾ ॥ ਚੇਤਿ ਅਚੇਤ ਮੂੜ ਮਨ ਮੇਰੇ ਅੰਤਿ ਨਹੀ ਕਛੁ ਤੇਰਾ ॥ ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਮਨ ਭੀਤਰਿ ਧਰਿ ਗਿਆਨੁ ॥ ਕਹੁ ਨਾਨਕ ਪ੍ਰਾਣੀ ਦੂਜੈ ਪਹਰੈ ਵਿਸਰਿ ਗਇਆ ਧਿਆਨੁ ॥੨॥ ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਧਨ ਜੋਬਨ ਸਿਉ ਚਿਤੁ ॥ ਹਰਿ ਕਾ ਨਾਮੁ ਨ ਚੇਤਹੀ ਵਣਜਾਰਿਆ ਮਿਤ੍ਰਾ ਬਧਾ ਛੁਟਹਿ ਜਿਤੁ ॥ ਹਰਿ ਕਾ ਨਾਮੁ ਨ ਚੇਤੈ ਪ੍ਰਾਣੀ ਬਿਕਲੁ ਭਇਆ ਸੰਗਿ ਮਾਇਆ ॥ ਧਨ ਸਿਉ ਰਤਾ ਜੋਬਨਿ ਮਤਾ ਅਹਿਲਾ ਜਨਮੁ ਗਵਾਇਆ ॥ ਧਰਮ ਸੇਤੀ ਵਾਪਾਰੁ ਨ ਕੀਤੋ ਕਰਮੁ ਨ ਕੀਤੋ ਮਿਤੁ ॥ ਕਹੁ ਨਾਨਕ ਤੀਜੈ ਪਹਰੈ ਪ੍ਰਾਣੀ ਧਨ ਜੋਬਨ ਸਿਉ ਚਿਤੁ ॥੩॥ ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਲਾਵੀ ਆਇਆ ਖੇਤੁ ॥ ਜਾ ਜਮਿ ਪਕੜਿ ਚਲਾਇਆ ਵਣਜਾਰਿਆ ਮਿਤ੍ਰਾ ਕਿਸੈ ਨ ਮਿਲਿਆ ਭੇਤੁ ॥ ਭੇਤੁ ਚੇਤੁ ਹਰਿ ਕਿਸੈ ਨ ਮਿਲਿਓ ਜਾ ਜਮਿ ਪਕੜਿ ਚਲਾਇਆ ॥ ਝੂਠਾ ਰੁਦਨੁ ਹੋਆ ਦੁੋਆਲੈ ਖਿਨ ਮਹਿ ਭਇਆ ਪਰਾਇਆ ॥ ਸਾਈ ਵਸਤੁ ਪਰਾਪਤਿ ਹੋਈ ਜਿਸੁ ਸਿਉ ਲਾਇਆ ਹੇਤੁ ॥ ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਲਾਵੀ ਲੁਣਿਆ ਖੇਤੁ ॥੪॥੧॥ ਸਿਰੀਰਾਗੁ ਮਹਲਾ ੧ ॥ ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਬਾਲਕ ਬੁਧਿ ਅਚੇਤੁ ॥ ਖੀਰੁ ਪੀਐ ਖੇਲਾਈਐ ਵਣਜਾਰਿਆ ਮਿਤ੍ਰਾ ਮਾਤ ਪਿਤਾ ਸੁਤ ਹੇਤੁ ॥ ਮਾਤ ਪਿਤਾ ਸੁਤ ਨੇਹੁ ਘਨੇਰਾ ਮਾਇਆ ਮੋਹੁ ਸਬਾਈ ॥ ਸੰਜੋਗੀ ਆਇਆ ਕਿਰਤੁ ਕਮਾਇਆ ਕਰਣੀ ਕਾਰ ਕਰਾਈ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਬੂਡੀ ਦੂਜੈ ਹੇਤਿ ॥ ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਛੂਟਹਿਗਾ ਹਰਿ ਚੇਤਿ ॥੧॥ ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਭਰਿ ਜੋਬਨਿ ਮੈ ਮਤਿ ॥ ਅਹਿਨਿਸਿ ਕਾਮਿ ਵਿਆਪਿਆ

ਵਣਜਾਰਿਆ ਮਿਤ੍ਰਾ ਅੰਧੁਲੇ ਨਾਮੁ ਨ ਚਿਤਿ ॥ ਰਾਮ ਨਾਮੁ ਘਟ ਅੰਤਰਿ ਨਾਹੀ ਹੋਰਿ ਜਾਣੈ ਰਸ ਕਸ ਮੀਠੇ ॥ ਗਿਆਨੁ ਧਿਆਨੁ ਗੁਣ ਸੰਜਮੁ ਨਾਹੀ ਜਨਮਿ ਮਰਹੁਗੇ ਝੂਠੇ ॥ ਤੀਰਥ ਵਰਤ ਸੁਚਿ ਸੰਜਮੁ ਨਾਹੀ ਕਰਮੁ ਧਰਮੁ ਨਹੀ ਪੂਜਾ ॥ ਨਾਨਕ ਭਾਇ ਭਗਤਿ ਨਿਸਤਾਰਾ ਦੁਬਿਧਾ ਵਿਆਪੈ ਦੂਜਾ ॥੨॥ ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਸਰਿ ਹੰਸ ਉਲਥੜੇ ਆਇ ॥ ਜੋਬਨੁ ਘਟੈ ਜਰੂਆ ਜਿਣੈ ਵਣਜਾਰਿਆ ਮਿਤ੍ਰਾ ਆਵ ਘਟੈ ਦਿਨੁ ਜਾਇ ॥ ਅੰਤਿ ਕਾਲਿ ਪਛੁਤਾਸੀ ਅੰਧੁਲੇ ਜਾ ਜਮਿ ਪਕੜਿ ਚਲਾਇਆ ॥ ਸਭੁ ਕਿਛੁ ਅਪੁਨਾ ਕਰਿ ਕਰਿ ਰਾਖਿਆ ਖਿਨ ਮਹਿ ਭਇਆ ਪਰਾਇਆ ॥ ਬੁਧਿ ਵਿਸਰਜੀ ਗਈ ਸਿਆਣਪ ਕਰਿ ਅਵਗਣ ਪਛੁਤਾਇ ॥ ਕਹੁ ਨਾਨਕ ਪ੍ਰਾਣੀ ਤੀਜੈ ਪਹਰੈ ਪ੍ਰਭੁ ਚੇਤਹੁ ਲਿਵ ਲਾਇ ॥੩॥ ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਬਿਰਧਿ ਭਇਆ ਤਨੁ ਖੀਣੁ ॥ ਅਖੀ ਅੰਧੁ ਨ ਦੀਸਈ ਵਣਜਾਰਿਆ ਮਿਤ੍ਰਾ ਕੰਨੀ ਸੁਣੈ ਨ ਵੈਣ ॥ ਅਖੀ ਅੰਧੁ ਜੀਭ ਰਸੁ ਨਾਹੀ ਰਹੇ ਪਰਾਕਉ ਤਾਣਾ ॥ ਗੁਣ ਅੰਤਰਿ ਨਾਹੀ ਕਿਉ ਸੁਖੁ ਪਾਵੈ ਮਨਮੁਖ ਆਵਣ ਜਾਣਾ ॥ ਖੜੁ ਪਕੀ ਕੁੜਿ ਭਜੈ ਬਿਨਸੈ ਆਇ ਚਲੈ ਕਿਆ ਮਾਣੁ ॥ ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਗੁਰਮੁਖਿ ਸਬਦੁ ਪਛਾਣੁ ॥੪॥ ਓੜਕੁ ਆਇਆ ਤਿਨ ਸਾਹਿਆ ਵਣਜਾਰਿਆ ਮਿਤ੍ਰਾ ਜਰੁ ਜਰਵਾਣਾ ਕੰਨਿ ॥ ਇਕ ਰਤੀ ਗੁਣ ਨ ਸਮਾਣਿਆ ਵਣਜਾਰਿਆ ਮਿਤ੍ਰਾ ਅਵਗਣ ਖੜਸਨਿ ਬੰਨਿ ॥ ਗੁਣ ਸੰਜਮਿ ਜਾਵੈ ਚੋਟ ਨ ਖਾਵੈ ਨਾ ਤਿਸੁ ਜੰਮਣੁ ਮਰਣਾ ॥ ਕਾਲੁ ਜਾਲੁ ਜਮੁ ਜੋਹਿ ਨ ਸਾਕੈ ਭਾਇ ਭਗਤਿ ਭੈ ਤਰਣਾ ॥ ਪਤਿ ਸੇਤੀ ਜਾਵੈ ਸਹਜਿ ਸਮਾਵੈ ਸਗਲੇ ਦੂਖ ਮਿਟਾਵੈ ॥ ਕਹੁ ਨਾਨਕ ਪ੍ਰਾਣੀ ਗੁਰਮੁਖਿ ਛੂਟੈ ਸਾਚੇ ਤੇ ਪਤਿ ਪਾਵੈ ॥੫॥੨॥

ਅੰਗ 76 ਤੋਂ ਅੰਗ 82 ਤੱਕ ਸਿਰੀਰਾਗੁ ਵਿਚ ਚੌਥੇ ਅਤੇ ਪੰਜਵੇਂ ਪਾਤਸ਼ਾਹ ਦੀ ਛੰਤ, ਡਖਣਾ ਅਤੇ ਵਣਜਾਰਾ ਬਾਣੀ ਦਰਜ ਹੈ।

ਸਿਰੀਰਾਗ ਕੀ ਵਾਰ ਮਹਲਾ ੪ ਸਲੋਕਾ ਨਾਲਿ

ਅੰਗ 82 ਤੋਂ ਅੰਗ 91 ਤੱਕ ਸਿਰੀਰਾਗੁ ਵਿਚ ਵਾਰ ਦਰਜ ਬਾਣੀ ਹੈ, ਇਸ ਵਿਚ ਪਹਿਲੇ, ਦੂਜੇ, ਤੀਜੇ ਅਤੇ ਪੰਜਵੇਂ ਪਾਤਸ਼ਾਹ ਦੇ ਸਲੋਕ ਹਨ।

੧ਓ ☬ ਸਤਿਗੁਰ ਪ੍ਰਸਾਦਿ ॥ ਸਿਰੀਰਾਗ ਕੀ ਵਾਰ ਮਹਲਾ ੪ ਸਲੋਕਾ ਨਾਲਿ ॥

ਸਲੋਕ ਮਃ ੩ ॥ --

ਸਲੋਕ ਮਃ ੧ ॥ ਦਾਤੀ ਸਾਹਿਬ ਸੰਦੀਆ ਕਿਆ ਚਲੈ ਤਿਸੁ ਨਾਲਿ ॥ ਇਕ ਜਾਗੰਦੇ ਨਾ ਲਹੰਨਿ ਇਕਨਾ ਸੁਤਿਆ ਦੇਇ ਉਠਾਲਿ ॥੧॥ ਮਃ ੧ ॥ ਸਿਦਕੁ ਸਬੂਰੀ ਸਾਦਿਕਾ ਸਬਰੁ ਤੋਸਾ ਮਲਾਇਕਾਂ ॥ ਦੀਦਾਰੁ ਪੂਰੇ ਪਾਇਸਾ ਥਾਉ ਨਾਹੀ ਖਾਇਕਾ ॥੨॥ ਪਉੜੀ ॥ ਸਭ ਆਪੇ ਤੁਧੁ ਉਪਾਇ ਕੈ ਆਪਿ ਕਾਰੈ ਲਾਈ ॥ ਤੂੰ ਆਪੇ ਵੇਖਿ ਵਿਗਸਦਾ ਆਪਣੀ ਵਡਿਆਈ ॥ ਹਰਿ ਤੁਧਹੁ ਬਾਹਰਿ ਕਿਛੁ ਨਾਹੀ ਤੂੰ ਸਚਾ ਸਾਈ ॥ ਤੂੰ ਆਪੇ ਆਪਿ ਵਰਤਦਾ ਸਭਨੀ ਹੀ ਥਾਈ ॥ ਹਰਿ ਤਿਸੈ ਧਿਆਵਹੁ ਸੰਤ ਜਨਹੁ ਜੋ ਲਏ ਛਡਾਈ ॥੨॥ ਸਲੋਕ ਮਃ ੧ ॥ ਫਕੜ ਜਾਤੀ ਫਕੜੁ ਨਾਉ ॥ ਸਭਨਾ ਜੀਆ ਇਕਾ ਛਾਉ ॥ ਆਪਹੁ ਜੇ ਕੋ ਭਲਾ ਕਹਾਏ ॥ ਨਾਨਕ ਤਾ ਪਰੁ ਜਾਪੈ ਜਾ ਪਤਿ ਲੇਖੈ ਪਾਏ ॥੧॥

ਮਃ ੨ ॥ --

ਸਲੋਕ ਮਃ ੧ ॥ ਕੁਦਰਤਿ ਕਰਿ ਕੈ ਵਸਿਆ ਸੋਇ ॥ ਵਖਤੁ ਵੀਚਾਰੇ ਸੁ ਬੰਦਾ ਹੋਇ ॥ ਕੁਦਰਤਿ ਹੈ ਕੀਮਤਿ ਨਹੀ ਪਾਇ ॥ ਜਾ ਕੀਮਤਿ ਪਾਇ ਤ ਕਹੀ ਨ ਜਾਇ ॥ ਸਰੈ ਸਰੀਅਤਿ ਕਰਹਿ ਬੀਚਾਰੁ ॥ ਬਿਨੁ ਬੂਝੇ ਕੈਸੇ ਪਾਵਹਿ ਪਾਰੁ ॥ ਸਿਦਕੁ ਕਰਿ ਸਿਜਦਾ ਮਨੁ ਕਰਿ ਮਖਸੂਦੁ ॥ ਜਿਹ ਧਿਰਿ ਦੇਖਾ ਤਿਹ ਧਿਰਿ ਮਉਜੂਦੁ ॥੧॥

ਮਃ ੩ ॥ ---

ਮਃ ੧ ॥ ਗਲੀ ਅਸੀ ਚੰਗੀਆ ਆਚਾਰੀ ਬੁਰੀਆਹ ॥ ਮਨਹੁ ਕੁਸੁਧਾ ਕਾਲੀਆ ਬਾਹਰਿ ਚਿਟਵੀਆਹ ॥ ਰੀਸਾ ਕਰਿਹ ਤਿਨਾੜੀਆ ਜੋ ਸੇਵਹਿ ਦਰੁ ਖੜੀਆਹ ॥ ਨਾਲਿ ਖਸਮੈ ਰਤੀਆ ਮਾਣਹਿ ਸੁਖਿ ਰਲੀਆਹ ॥ ਹੋਦੈ ਤਾਣਿ ਨਿਤਾਣੀਆ ਰਹਹਿ ਨਿਮਾਨਣੀਆਹ ॥ ਨਾਨਕ ਜਨਮੁ ਸਕਾਰਥਾ ਜੇ ਤਿਨ ਕੈ ਸੰਗਿ ਮਿਲਾਹ ॥੨॥ ਪਉੜੀ ॥ ਤੂੰ ਆਪੇ ਜਲੁ ਮੀਨਾ ਹੈ ਆਪੇ ਆਪੇ ਹੀ ਆਪਿ ਜਾਲੁ ॥ ਤੂੰ ਆਪੇ ਜਾਲੁ ਵਤਾਇਦਾ ਆਪੇ ਵਿਚਿ ਸੇਬਾਲੁ ॥ ਤੂੰ ਆਪੇ ਕਮਲੁ ਅਲਿਪਤੁ ਹੈ ਸੈ ਹਥਾ ਵਿਚਿ ਗੁਲਾਲੁ ॥ ਤੂੰ ਆਪੇ ਮੁਕਤਿ ਕਰਾਇਦਾ ਇਕ ਨਿਮਖ ਘੜੀ ਕਰਿ ਖਿਆਲੁ ॥ ਹਰਿ ਤੁਧਹੁ ਬਾਹਰਿ ਕਿਛੁ ਨਹੀ ਗੁਰ ਸਬਦੀ ਵੇਖਿ ਨਿਹਾਲੁ ॥੭॥

ਸਲੋਕ ਮਃ ੩ ॥ ---

ਸਲੋਕ ਮਃ ੨ ॥ ---

ਮਃ ੫ ॥ ---

ਸਲੋਕ ਮਃ ੩ ॥ ---

ਸਲੋਕ ਮਃ ੧ ॥ ਕੁਬੁਧਿ ਡੂਮਣੀ ਕੁਦਇਆ ਕਸਾਇਣਿ ਪਰ ਨਿੰਦਾ ਘਟ ਚੂਹੜੀ ਮੁਠੀ ਕ੍ਰੋਧਿ ਚੰਡਾਲਿ ॥ ਕਾਰੀ ਕਢੀ ਕਿਆ ਥੀਐ ਜਾਂ ਚਾਰੇ ਬੈਠੀਆ ਨਾਲਿ ॥ ਸਚੁ ਸੰਜਮੁ ਕਰਣੀ ਕਾਰਾਂ ਨਾਵਣੁ ਨਾਉ ਜਪੇਹੀ ॥ ਨਾਨਕ ਅਗੈ ਊਤਮ ਸੇਈ ਜਿ ਪਾਪਾਂ ਪੰਦਿ ਨ ਦੇਹੀ ॥੧॥ ਮਃ ੧ ॥ ਕਿਆ ਹੰਸੁ ਕਿਆ ਬਗੁਲਾ ਜਾ ਕਉ ਨਦਰਿ ਕਰੇਇ ॥ ਜੋ ਤਿਸੁ ਭਾਵੈ ਨਾਨਕਾ ਕਾਗਹੁ ਹੰਸੁ ਕਰੇਇ ॥੨॥ ਪਉੜੀ

॥ ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ ॥ ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥ ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ ॥੨●॥

ਸਲੋਕ ਮਃ ੩ ॥ --

ਅੰਗ 91 ਤੋਂ ਅੰਗ 93 ਤੱਕ ਸਿਰੀਰਾਗੁ ਵਿਚ ਕਬੀਰ ਜੀ ਅਤੇ ਭਗਤ ਬੇਣੀ ਜੀਉ ਕੀ ਬਾਣੀ ਦਰਜ ਹੈ।

ਅੰਗ 94 ਤੋਂ ਮਾਝ ਰਾਗੁ ਸ਼ੁਰੂ ਹੋ ਜਾਂਦਾ ਹੈ ਅਤੇ ਅੰਗ 109 ਤੱਕ ਮਾਝ ਰਾਗੁ ਵਿਚ ਚੌਥੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਦਰਜ ਹੈ।

ਰਾਗੁ ਮਾਝ ਅਸਟਪਦੀਆ ਮਹਲਾ ੧

ਰਾਗੁ ਮਾਝ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਸਬਦਿ ਰੰਗਾਏ ਹੁਕਮਿ ਸਬਾਏ ॥ ਸਚੀ ਦਰਗਹ ਮਹਲਿ ਬੁਲਾਏ ॥ ਸਚੇ ਦੀਨ ਦਇਆਲ ਮੇਰੇ ਸਾਹਿਬਾ ਸਚੇ ਮਨੁ ਪਤੀਆਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਬਦਿ ਸੁਹਾਵਣਿਆ ॥ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਗੁਰਮਤੀ ਮੰਨਿ ਵਸਾਵਣਿਆ ॥੧॥ ਰਹਾਉ ॥ ਨਾ ਕੋ ਮੇਰਾ ਹਉ ਕਿਸੁ ਕੇਰਾ ॥ ਸਾਚਾ ਠਾਕੁਰੁ ਤ੍ਰਿਭਵਣਿ ਮੇਰਾ ॥ ਹਉਮੈ ਕਰਿ ਕਰਿ ਜਾਇ ਘਣੇਰੀ ਕਰਿ ਅਵਗਣ ਪਛੋਤਾਵਣਿਆ

॥੨॥ ਹੁਕਮੁ ਪਛਾਣੈ ਸੁ ਹਰਿ ਗੁਣ ਵਖਾਣੈ ॥ ਗੁਰ ਕੈ ਸਬਦਿ ਨਾਮਿ ਨੀਸਾਣੈ ॥ ਸਭਨਾ ਕਾ ਦਰਿ ਲੇਖਾ ਸਚੈ ਛੂਟਸਿ ਨਾਮਿ ਸੁਹਾਵਣਿਆ ॥੩॥ ਮਨਮੁਖੁ ਭੂਲਾ ਠਉਰੁ ਨ ਪਾਏ ॥ ਜਮ ਦਰਿ ਬਧਾ ਚੋਟਾ ਖਾਏ ॥ ਬਿਨੁ ਨਾਵੈ ਕੋ ਸੰਗਿ ਨ ਸਾਥੀ ਮੁਕਤੇ ਨਾਮੁ ਧਿਆਵਣਿਆ ॥੪॥ ਸਾਕਤ ਕੂੜੇ ਸਚੁ ਨ ਭਾਵੈ ॥ ਦੁਬਿਧਾ ਬਾਧਾ ਆਵੈ ਜਾਵੈ ॥ ਲਿਖਿਆ ਲੇਖੁ ਨ ਮੇਟੈ ਕੋਈ ਗੁਰਮੁਖਿ ਮੁਕਤਿ ਕਰਾਵਣਿਆ ॥੫॥ ਪੇਈਅੜੈ ਪਿਰੁ ਜਾਤੋ ਨਾਹੀ ॥ ਝੂਠਿ ਵਿਛੁੰਨੀ ਰੋਵੈ ਧਾਹੀ ॥ ਅਵਗਣਿ ਮੁਠੀ ਮਹਲੁ ਨ ਪਾਏ ਅਵਗਣ ਗੁਣਿ ਬਖਸਾਵਣਿਆ ॥੬॥ ਪੇਈਅੜੈ ਜਿਨਿ ਜਾਤਾ ਪਿਆਰਾ ॥ ਗੁਰਮੁਖਿ ਬੂਝੈ ਤਤੁ ਬੀਚਾਰਾ ॥ ਆਵਣੁ ਜਾਣਾ ਠਾਕਿ ਰਹਾਏ ਸਚੈ ਨਾਮਿ ਸਮਾਵਣਿਆ ॥੭॥ ਗੁਰਮੁਖਿ ਬੂਝੈ ਅਕਥੁ ਕਹਾਵੈ ॥ ਸਚੇ ਠਾਕੁਰ ਸਾਚੋ ਭਾਵੈ ॥ ਨਾਨਕ ਸਚੁ ਕਹੈ ਬੇਨੰਤੀ ਸਚੁ ਮਿਲੈ ਗੁਣ ਗਾਵਣਿਆ ॥੮॥੧॥

ਅੰਗ 109 ਤੋਂ ਅੰਗ 133 ਤੱਕ ਤੀਜੇ, ਚੌਥੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਦਰਜ ਹੈ।

ਅੰਗ 133 ਤੋਂ ਬਾਰਹ ਮਾਹਾ ਮਾਂਝ ਮਹਲਾ ੫ ਸ਼ੁਰੂ ਹੋ ਜਾਂਦਾ ਹੈ, ਜੋ ਕਿ ਅੰਗ 136 ਤੱਕ ਹੈ।

ਅੰਗ 136 ਤੋਂ ਮਹਲਾ ੫ ਦਿਨ ਰੈਣਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਕਿ ਅੰਗ 137 ਤੱਕ ਹੈ।

ਵਾਰ ਮਾਝ ਕੀ ਤਥਾ ਸਲੋਕ ਮਹਲਾ ੧

ਅੰਗ 137 ਤੋਂ ਵਾਰ ਮਾਝ ਕੀ ਸ਼ੁਰੂ ਹੋ ਜਾਂਦੀ ਹੈ, ਜੋ ਕਿ ਅੰਗ 150 ਤੱਕ ਹੈ। ਇਸ ਵਿਚ ਪਹਿਲੇ, ਦੂਜੇ, ਤੀਜੇ ਅਤੇ ਚੌਥੇ ਪਾਤਸ਼ਾਹ ਦੇ ਸਲੋਕ ਦਰਜ ਹਨ।

ਮਲਕ ਮੁਰੀਦ ਤਥਾ ਚੰਦ੍ਰਹੜਾ ਸੋਹੀਆ ਕੀ ਧੁਨੀ ਗਾਵਣੀ ॥

ੴ ਸਤਿ ਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

ਸਲੋਕੁ ਮਃ ੧ ॥ ਗੁਰੁ ਦਾਤਾ ਗੁਰੁ ਹਿਵੈ ਘਰੁ ਗੁਰੁ ਦੀਪਕੁ ਤਿਹ ਲੋਇ ॥ ਅਮਰ ਪਦਾਰਥੁ ਨਾਨਕਾ ਮਨਿ ਮਾਨਿਐ ਸੁਖੁ ਹੋਇ ॥੧॥ ਮਃ ੧ ॥ ਪਹਿਲੈ ਪਿਆਰਿ ਲਗਾ ਥਣ ਦੁਧਿ ॥ ਦੂਜੈ ਮਾਇ ਬਾਪ ਕੀ ਸੁਧਿ ॥ ਤੀਜੈ ਭਯਾ ਭਾਭੀ ਬੇਬ ॥ ਚਉਥੈ ਪਿਆਰਿ ਉਪੰਨੀ ਖੇਡ ॥ ਪੰਜਵੈ ਖਾਣ ਪੀਅਣ ਕੀ ਧਾਤੁ ॥ ਛਿਵੈ ਕਾਮੁ ਨ ਪੁਛੈ ਜਾਤਿ ॥ ਸਤਵੈ ਸੰਜਿ ਕੀਆ ਘਰ ਵਾਸੁ ॥ ਅਠਵੈ ਕ੍ਰੋਧੁ ਹੋਆ ਤਨ ਨਾਸੁ ॥ ਨਾਵੈ ਧਉਲੇ ਉਭੇ ਸਾਹ ॥ ਦਸਵੈ ਦਧਾ ਹੋਆ ਸੁਆਹ ॥ ਗਏ ਸਿਗੀਤ ਪੁਕਾਰੀ ਧਾਹ ॥ ਉਡਿਆ ਹੰਸੁ ਦਸਾਏ ਰਾਹ ॥ ਆਇਆ ਗਇਆ ਮੁਇਆ ਨਾਉ ॥ ਪਿਛੈ ਪਤਲਿ ਸਦਿਹੁ ਕਾਵ ॥ ਨਾਨਕ ਮਨਮੁਖਿ ਅੰਧੁ ਪਿਆਰੁ ॥ ਬਾਝੁ ਗੁਰੂ ਡੁਬਾ ਸੰਸਾਰੁ ॥੨॥ ਮਃ ੧ ॥ ਦਸ ਬਾਲਤਣਿ ਬੀਸ ਰਵਣਿ ਤੀਸਾ ਕਾ ਸੁੰਦਰੁ ਕਹਾਵੈ ॥ ਚਾਲੀਸੀ ਪੁਰੁ ਹੋਇ ਪਚਾਸੀ ਪਗੁ ਖਿਸੈ ਸਠੀ ਕੇ ਬੋਢੇਪਾ ਆਵੈ ॥ ਸਤਰਿ ਕਾ ਮਤਿਹੀਣੁ ਅਸੀਹਾਂ ਕਾ ਵਿਉਹਾਰੁ ਨ ਪਾਵੈ ॥ ਨਵੈ ਕਾ ਸਿਹਜਾਸਣੀ ਮੂਲਿ ਨ ਜਾਣੈ ਅਪ ਬਲੁ ॥ ਢੰਢੋਲਿਮੁ ਢੂਢਿਮੁ ਡਿਠੁ ਮੈ ਨਾਨਕ ਜਗੁ ਧੂਏ ਕਾ ਧਵਲਹਰੁ ॥੩॥ ਪਉੜੀ ॥ ਤੂੰ ਕਰਤਾ ਪੁਰਖੁ ਅਗੰਮੁ ਹੈ ਆਪਿ ਸ੍ਰਿਸਟਿ ਉਪਾਤੀ ॥ ਰੰਗ ਪਰੰਗ ਉਪਾਰਜਨਾ ਬਹੁ ਬਹੁ ਬਿਧਿ ਭਾਤੀ ॥ ਤੂੰ ਜਾਣਹਿ ਜਿਨਿ ਉਪਾਈਐ ਸਭੁ ਖੇਲੁ ਤੁਮਾਤੀ ॥ ਇਕਿ ਆਵਹਿ ਇਕਿ ਜਾਹਿ

ਉਠਿ ਬਿਨੁ ਨਾਵੈ ਮਰਿ ਜਾਤੀ ॥ ਗੁਰਮੁਖਿ ਰੰਗਿ ਚਲੂਲਿਆ ਰੰਗਿ ਹਰਿ ਰੰਗਿ ਰਾਤੀ ॥ ਸੋ ਸੇਵਹੁ ਸਤਿ ਨਿਰੰਜਨੋ ਹਰਿ ਪੁਰਖੁ ਬਿਧਾਤੀ ॥ ਤੂੰ ਆਪੇ ਆਪਿ ਸੁਜਾਣੁ ਹੈ ਵਡ ਪੁਰਖੁ ਵਡਾਤੀ ॥ ਜੋ ਮਨਿ ਚਿਤਿ ਤੁਧੁ ਧਿਆਇਦੇ ਮੇਰੇ ਸਚਿਆ ਬਲਿ ਬਲਿ ਹਉ ਤਿਨ ਜਾਤੀ ॥੧॥

ਸਲੋਕ ਮਃ ੧ ॥ ਜੀਉ ਪਾਇ ਤਨੁ ਸਾਜਿਆ ਰਖਿਆ ਬਣਤ ਬਣਾਇ ॥ ਅਖੀ ਦੇਖੈ ਜਿਹਵਾ ਬੋਲੈ ਕੰਨੀ ਸੁਰਤਿ ਸਮਾਇ ॥ ਪੈਰੀ ਚਲੈ ਹਥੀ ਕਰਣਾ ਦਿਤਾ ਪੈਨੈ ਖਾਇ ॥ ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਅੰਧਾ ਅੰਧੁ ਕਮਾਇ ॥ ਜਾ ਭਜੈ ਤਾ ਠੀਕਰੁ ਹੋਵੈ ਘਾੜਤ ਘੜੀ ਨ ਜਾਇ ॥ ਨਾਨਕ ਗੁਰ ਬਿਨੁ ਨਾਹਿ ਪਤਿ ਪਤਿ ਵਿਣੁ ਪਾਰਿ ਨ ਪਾਇ ॥੧॥

ਰਾਗੁ ਗਉੜੀ ਗੁਆਰੇਰੀ ਮਹਲਾ ੧

ਅੰਗ 151 ਤੋਂ ਰਾਗੁ ਗਉੜੀ ਗੁਆਰੇਰੀ ਸ਼ੁਰੂ ਹੋ ਜਾਂਦਾ ਹੈ, ਜੋ ਅੰਗ 157 ਤੱਕ ਹੈ।

ਰਾਗੁ ਗਉੜੀ ਗੁਆਰੇਰੀ ਮਹਲਾ ੧ ਚਉਪਦੇ ਦੁਪਦੇ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਭਉ ਮੁਚੁ ਭਾਰਾ ਵਡਾ ਤੋਲੁ ॥ ਮਨ ਮਤਿ ਹਉਲੀ ਬੋਲੇ ਬੋਲੁ ॥ ਸਿਰਿ ਧਰਿ ਚਲੀਐ ਸਹੀਐ ਭਾਰੁ ॥ ਨਦਰੀ ਕਰਮੀ ਗੁਰ ਬੀਚਾਰੁ ॥੧॥ ਭੈ ਬਿਨੁ ਕੋਇ ਨ ਲੰਘਸਿ ਪਾਰਿ ॥ ਭੈ ਭਉ ਰਾਖਿਆ ਭਾਇ ਸਵਾਰਿ ॥੧॥ ਰਹਾਉ ॥ ਭੈ ਤਨਿ ਅਗਨਿ ਭਖੈ ਭੈ ਨਾਲਿ ॥ ਭੈ ਭਉ ਘੜੀਐ ਸਬਦਿ ਸਵਾਰਿ ॥ ਭੈ ਬਿਨੁ ਘਾੜਤ ਕਚੁ ਨਿਕਚ ॥ ਅੰਧਾ ਸਚਾ ਅੰਧੀ ਸਟ ॥੨॥ ਬੁਧੀ ਬਾਜੀ ਉਪਜੈ ਚਾਉ ॥ ਸਹਸ ਸਿਆਣਪ ਪਵੈ ਨ ਤਾਉ ॥ ਨਾਨਕ ਮਨਮੁਖਿ ਬੋਲਣੁ ਵਾਉ ॥ ਅੰਧਾ ਅਖਰੁ ਵਾਉ ਦੁਆਉ ॥੩॥੧॥ ਗਉੜੀ ਮਹਲਾ ੧ ॥ ਡਰਿ ਘਰੁ ਘਰਿ ਡਰੁ ਡਰਿ ਡਰੁ ਜਾਇ ॥ ਸੋ ਡਰੁ ਕੇਹਾ ਜਿਤੁ ਡਰਿ ਡਰੁ ਪਾਇ ॥ ਤੁਧੁ ਬਿਨੁ ਦੂਜੀ ਨਾਹੀ ਜਾਇ ॥ ਜੋ ਕਿਛੁ ਵਰਤੈ ਸਭ ਤੇਰੀ ਰਜਾਇ ॥੧॥ ਡਰੀਐ ਜੇ ਡਰੁ ਹੋਵੈ ਹੋਰੁ ॥ ਡਰਿ ਡਰਿ ਡਰਣਾ ਮਨ ਕਾ ਸੋਰੁ ॥੧॥ ਰਹਾਉ ॥ ਨ ਜੀਉ ਮਰੈ ਨ ਡੂਬੈ ਤਰੈ ॥ ਜਿਨਿ ਕਿਛੁ ਕੀਆ ਸੋ ਕਿਛੁ ਕਰੈ ॥ ਹੁਕਮੇ ਆਵੈ ਹੁਕਮੇ ਜਾਇ ॥ ਆਗੈ ਪਾਛੈ ਹੁਕਮਿ ਸਮਾਇ ॥੨॥ ਹੰਸੁ ਹੇਤੁ ਆਸਾ ਅਸਮਾਨੁ ॥ ਤਿਸੁ ਵਿਚਿ ਭੂਖ ਬਹੁਤੁ ਨੈ ਸਾਨੁ ॥ ਭਉ ਖਾਣਾ ਪੀਣਾ ਆਧਾਰੁ ॥ ਵਿਣੁ ਖਾਧੇ ਮਰਿ ਹੋਹਿ ਗਵਾਰ ॥੩॥ ਜਿਸ ਕਾ ਕੋਇ ਕੋਈ ਕੋਇ ਕੋਇ ॥ ਸਭੁ ਕੋ ਤੇਰਾ ਤੂੰ ਸਭਨਾ ਕਾ ਸੋਇ ॥ ਜਾ ਕੇ ਜੀਅ ਜੰਤ ਧਨੁ ਮਾਲੁ ॥ ਨਾਨਕ ਆਖਣੁ ਬਿਖਮੁ ਬੀਚਾਰੁ ॥੪॥੨॥ ਗਉੜੀ ਮਹਲਾ ੧ ॥ ਮਾਤਾ ਮਤਿ ਪਿਤਾ ਸੰਤੋਖੁ ॥ ਸਤੁ ਭਾਈ ਕਰਿ ਏਹੁ ਵਿਸੇਖੁ ॥੧॥ ਕਹਣਾ ਹੈ ਕਿਛੁ ਕਹਣੁ ਨ ਜਾਇ ॥ ਤਉ ਕੁਦਰਤਿ ਕੀਮਤਿ ਨਹੀ ਪਾਇ ॥੧॥ ਰਹਾਉ ॥ ਸਰਮ ਸੁਰਤਿ ਦੁਇ ਸਸੁਰ ਭਏ ॥ ਕਰਣੀ ਕਾਮਣਿ ਕਰਿ ਮਨ ਲਏ ॥੨॥ ਸਾਹਾ ਸੰਜੋਗੁ ਵੀਆਹੁ ਵੀਜੋਗੁ ॥ ਸਚੁ ਸੰਤਤਿ ਕਹੁ ਨਾਨਕ ਜੋਗੁ ॥੩॥੩॥ ਗਉੜੀ ਮਹਲਾ ੧ ॥ ਪਉਣੈ ਪਾਣੀ ਅਗਨੀ ਕਾ ਮੇਲੁ ॥ ਚੰਚਲ ਚਪਲ ਬੁਧਿ ਕਾ ਖੇਲੁ ॥ ਨਉ ਦਰਵਾਜੇ ਦਸਵਾ ਦੁਆਰੁ ॥ ਬੁਝੁ ਰੇ ਗਿਆਨੀ ਏਹੁ ਬੀਚਾਰੁ ॥ ੧॥ ਕਥਤਾ ਬਕਤਾ ਸੁਨਤਾ ਸੋਈ ॥ ਆਪੁ ਬੀਚਾਰੇ ਸੁ ਗਿਆਨੀ ਹੋਈ ॥੧॥ ਰਹਾਉ ॥ ਦੇਹੀ ਮਾਟੀ ਬੋਲੈ ਪਉਣੁ ॥ ਬੁਝੁ ਰੇ ਗਿਆਨੀ ਮੂਆ ਹੈ ਕਉਣੁ ॥ ਮੂਈ ਸੁਰਤਿ ਬਾਦੁ ਅਹੰਕਾਰੁ ॥ ਓਹੁ ਨ ਮੂਆ ਜੋ ਦੇਖਣਹਾਰੁ ॥੨॥ ਜੈ ਕਾਰਣਿ ਤਟਿ ਤੀਰਥ ਜਾਹੀ ॥ ਰਤਨ ਪਦਾਰਥ ਘਟ ਹੀ ਮਾਹੀ ॥ ਪੜਿ ਪੜਿ ਪੰਡਿਤੁ ਬਾਦੁ ਵਖਾਣੈ ॥ ਭੀਤਰਿ ਹੋਦੀ ਵਸਤੁ ਨ ਜਾਣੈ ॥੩॥ ਹਉ ਨ ਮੂਆ ਮੇਰੀ ਮੁਈ ਬਲਾਇ ॥ ਓਹੁ ਨ ਮੂਆ ਜੋ ਰਹਿਆ ਸਮਾਇ ॥ ਕਹੁ

ਨਾਨਕ ਗੁਰਿ ਬ੍ਰਹਮੁ ਦਿਖਾਇਆ ॥ ਮਰਤਾ ਜਾਤਾ ਨਦਰਿ ਨ ਆਇਆ ॥੪॥੪॥ ਗਉੜੀ ਮਹਲਾ ੧ ਦਖਣੀ ॥ ਸੁਣਿ ਸੁਣਿ ਬੂਝੈ ਮਾਨੈ ਨਾਉ ॥ ਤਾ ਕੈ ਸਦ ਬਲਿਹਾਰੈ ਜਾਉ ॥ ਆਪਿ ਭੁਲਾਏ ਠਉਰ ਨ ਠਾਉ ॥ ਤੂੰ ਸਮਝਾਵਹਿ ਮੇਲਿ ਮਿਲਾਉ ॥੧॥ ਨਾਮੁ ਮਿਲੈ ਚਲੈ ਮੈ ਨਾਲਿ ॥ ਬਿਨੁ ਨਾਵੈ ਬਾਧੀ ਸਭ ਕਾਲਿ ॥੧॥ ਰਹਾਉ ॥ ਖੇਤੀ ਵਣਜੁ ਨਾਵੈ ਕੀ ਓਟ ॥ ਪਾਪੁ ਪੁੰਨੁ ਬੀਜ ਕੀ ਪੋਟ ॥ ਕਾਮੁ ਕ੍ਰੋਧੁ ਜੀਅ ਮਹਿ ਚੋਟ ॥ ਨਾਮੁ ਵਿਸਾਰਿ ਚਲੇ ਮਨਿ ਖੋਟ ॥੨॥ ਸਾਚੇ ਗੁਰ ਕੀ ਸਾਚੀ ਸੀਖ ॥ ਤਨੁ ਮਨੁ ਸੀਤਲੁ ਸਾਚੁ ਪਰੀਖ ॥ ਜਲ ਪੁਰਾਇਨਿ ਰਸ ਕਮਲ ਪਰੀਖ ॥ ਸਬਦਿ ਰਤੇ ਮੀਠੇ ਰਸ ਈਖ ॥੩॥ ਹੁਕਮਿ ਸੰਜੋਗੀ ਗੜਿ ਦਸ ਦੁਆਰ ॥ ਪੰਚ ਵਸਹਿ ਮਿਲਿ ਜੋਤਿ ਅਪਾਰ ॥ ਆਪਿ ਤੁਲੈ ਆਪੇ ਵਣਜਾਰ ॥ ਨਾਨਕ ਨਾਮਿ ਸਵਾਰਣਹਾਰ ॥੪॥੫॥ ਗਉੜੀ ਮਹਲਾ ੧ ॥ ਜਾਤੋ ਜਾਇ ਕਹਾ ਤੇ ਆਵੈ ॥ ਕਹ ਉਪਜੈ ਕਹ ਜਾਇ ਸਮਾਵੈ ॥ ਕਿਉ ਬਾਧਿਓ ਕਿਉ ਮੁਕਤੀ ਪਾਵੈ ॥ ਕਿਉ ਅਬਿਨਾਸੀ ਸਹਜਿ ਸਮਾਵੈ ॥੧॥ ਨਾਮੁ ਰਿਦੈ ਅੰਮ੍ਰਿਤੁ ਮੁਖਿ ਨਾਮੁ ॥ ਨਰਹਰ ਨਾਮੁ ਨਰਹਰ ਨਿਹਕਾਮੁ ॥੧॥ ਰਹਾਉ ॥ ਸਹਜੇ ਆਵੈ ਸਹਜੇ ਜਾਇ ॥ ਮਨ ਤੇ ਉਪਜੈ ਮਨ ਮਾਹਿ ਸਮਾਇ ॥ ਗੁਰਮੁਖਿ ਮੁਕਤੋ ਬੰਧੁ ਨ ਪਾਇ ॥ ਸਬਦੁ ਬੀਚਾਰਿ ਛੁਟੈ ਹਰਿ ਨਾਇ ॥੨॥ ਤਰਵਰ ਪੰਖੀ ਬਹੁ ਨਿਸਿ ਬਾਸੁ ॥ ਸੁਖ ਦੁਖੀਆ ਮਨਿ ਮੋਹ ਵਿਣਾਸੁ ॥ ਸਾਝ ਬਿਹਾਗ ਤਕਹਿ ਆਗਾਸੁ ॥ ਦਹ ਦਿਸਿ ਧਾਵਹਿ ਕਰਮਿ ਲਿਖਿਆਸੁ ॥੩॥ ਨਾਮ ਸੰਜੋਗੀ ਗੋਇਲਿ ਥਾਟੁ ॥ ਕਾਮ ਕ੍ਰੋਧ ਫੂਟੈ ਬਿਖੁ ਮਾਟੁ ॥ ਬਿਨੁ ਵਖਰ ਸੂਨੋ ਘਰੁ ਹਾਟੁ ॥ ਗੁਰ ਮਿਲਿ ਖੋਲੇ ਬਜਰ ਕਪਾਟ ॥੪॥ ਸਾਧੁ ਮਿਲੈ ਪੂਰਬ ਸੰਜੋਗ ॥ ਸਚਿ ਰਹਸੇ ਪੂਰੇ ਹਰਿ ਲੋਗ ॥ ਮਨੁ ਤਨੁ ਦੇ ਲੈ ਸਹਜਿ ਸੁਭਾਇ ॥ ਨਾਨਕ ਤਿਨ ਕੈ ਲਾਗਉ ਪਾਇ ॥੫॥੬॥ ਗਉੜੀ ਮਹਲਾ ੧ ॥ ਕਾਮੁ ਕ੍ਰੋਧੁ ਮਾਇਆ ਮਹਿ ਚੀਤੁ ॥ ਝੂਠ ਵਿਕਾਰਿ ਜਾਗੈ ਹਿਤ ਚੀਤੁ ॥ ਪੂੰਜੀ ਪਾਪ ਲੋਭ ਕੀ ਕੀਤੁ ॥ ਤਰੁ ਤਾਰੀ ਮਨਿ ਨਾਮੁ ਸੁਚੀਤੁ ॥੧॥ ਵਾਹੁ ਵਾਹੁ ਸਾਚੇ ਮੈ ਤੇਰੀ ਟੇਕ ॥ ਹਉ ਪਾਪੀ ਤੂੰ ਨਿਰਮਲੁ ਏਕੁ ॥੧॥ ਰਹਾਉ ॥ ਅਗਨਿ ਪਾਣੀ ਬੋਲੈ ਭੜਵਾਉ ॥ ਜਿਹਵਾ ਇੰਦ੍ਰੀ ਏਕੁ ਸੁਆਉ ॥ ਦਿਸਟਿ ਵਿਕਾਰੀ ਨਾਹੀ ਭਉ ਭਾਉ ॥ ਆਪੁ ਮਾਰੇ ਤਾ ਪਾਏ ਨਾਉ ॥੨॥ ਸਬਦਿ ਮਰੈ ਫਿਰਿ ਮਰਣੁ ਨ ਹੋਇ ॥ ਬਿਨੁ ਮੂਏ ਕਿਉ ਪੂਰਾ ਹੋਇ ॥ ਪਰਪੰਚਿ ਵਿਆਪਿ ਰਹਿਆ ਮਨੁ ਦੋਇ ॥ ਥਿਰੁ ਨਾਰਾਇਣੁ ਕਰੇ ਸੁ

ਹੋਇ ॥੩॥ ਬੋਹਿਥਿ ਚੜਉ ਜਾ ਆਵੈ ਵਾਰੁ ॥ ਠਾਕੇ ਬੋਹਿਥ ਦਰਗਹ ਮਾਰ ॥ ਸਚੁ ਸਾਲਾਹੀ ਧੰਨੁ ਗੁਰਦੁਆਰੁ ॥ ਨਾਨਕ ਦਰਿ ਘਰਿ ਏਕੰਕਾਰੁ ॥੪॥੭॥ ਗਉੜੀ ਮਹਲਾ ੧ ॥ ਉਲਟਿਓ ਕਮਲੁ ਬ੍ਰਹਮੁ ਬੀਚਾਰਿ ॥ ਅੰਮ੍ਰਿਤ ਧਾਰ ਗਗਨਿ ਦਸ ਦੁਆਰਿ ॥ ਤ੍ਰਿਭਵਣੁ ਬੇਧਿਆ ਆਪਿ ਮੁਰਾਰਿ ॥੧॥ ਰੇ ਮਨ ਮੇਰੇ ਭਰਮੁ ਨ ਕੀਜੈ ॥ ਮਨਿ ਮਾਨਿਐ ਅੰਮ੍ਰਿਤ ਰਸੁ ਪੀਜੈ ॥੧॥ ਰਹਾਉ ॥ ਜਨਮੁ ਜੀਤਿ ਮਰਣਿ ਮਨੁ ਮਾਨਿਆ ॥ ਆਪਿ ਮੂਆ ਮਨੁ ਮਨ ਤੇ ਜਾਨਿਆ ॥ ਨਜਰਿ ਭਈ ਘਰੁ ਘਰ ਤੇ ਜਾਨਿਆ ॥੨॥ ਜਤੁ ਸਤੁ ਤੀਰਥੁ ਮਜਨੁ ਨਾਮਿ ॥ ਅਧਿਕ ਬਿਥਾਰੁ ਕਰਉ ਕਿਸੁ ਕਾਮਿ ॥ ਨਰ ਨਾਰਾਇਣ ਅੰਤਰਜਾਮਿ ॥੩॥ ਆਨ ਮਨਉ ਤਉ ਪਰ ਘਰ ਜਾਉ ॥ ਕਿਸੁ ਜਾਚਉ ਨਾਹੀ ਕੋ ਥਾਉ ॥ ਨਾਨਕ ਗੁਰਮਤਿ ਸਹਜਿ ਸਮਾਉ ॥੪॥੮॥ ਗਉੜੀ ਮਹਲਾ ੧ ॥ ਸਤਿਗੁਰੁ ਮਿਲੈ ਸੁ ਮਰਣੁ ਦਿਖਾਏ ॥ ਮਰਣੁ ਰਹਣ ਰਸੁ ਅੰਤਰਿ ਭਾਏ ॥ ਗਰਬੁ ਨਿਵਾਰਿ ਗਗਨ ਪੁਰੁ ਪਾਏ ॥੧॥ ਮਰਣੁ ਲਿਖਾਇ ਆਏ ਨਹੀ ਰਹਣਾ ॥ ਹਰਿ ਜਪਿ ਜਾਪਿ ਰਹਣੁ ਹਰਿ ਸਰਣਾ ॥੧॥ ਰਹਾਉ ॥ ਸਤਿਗੁਰੁ ਮਿਲੈ ਤ ਦੁਬਿਧਾ ਭਾਗੈ ॥ ਕਮਲੁ ਬਿਗਾਸਿ ਮਨੁ ਹਰਿ ਪ੍ਰਭ ਲਾਗੈ ॥ ਜੀਵਤੁ ਮਰੈ ਮਹਾ ਰਸੁ ਆਗੈ ॥੨॥ ਸਤਿਗੁਰਿ ਮਿਲਿਐ ਸਚ ਸੰਜਮਿ ਸੂਚਾ ॥ ਗੁਰ ਕੀ ਪਉੜੀ ਊਚੋ ਊਚਾ ॥ ਕਰਮਿ ਮਿਲੈ ਜਮ ਕਾ ਭਉ ਮੂਚਾ ॥੩॥ ਗੁਰਿ ਮਿਲਿਐ ਮਿਲਿ ਅੰਕਿ ਸਮਾਇਆ ॥ ਕਰਿ ਕਿਰਪਾ ਘਰੁ ਮਹਲੁ ਦਿਖਾਇਆ ॥ ਨਾਨਕ ਹਉਮੈ ਮਾਰਿ ਮਿਲਾਇਆ ॥੪॥੯॥ ਗਉੜੀ ਮਹਲਾ ੧ ॥ ਕਿਰਤੁ ਪਇਆ ਨਹ ਮੇਟੈ ਕੋਇ ॥ ਕਿਆ ਜਾਣਾ ਕਿਆ ਆਗੈ ਹੋਇ ॥ ਜੋ ਤਿਸੁ ਭਾਣਾ ਸੋਈ ਹੂਆ ॥ ਅਵਰੁ ਨ ਕਰਣੈ ਵਾਲਾ ਦੂਆ ॥੧॥ ਨਾ ਜਾਣਾ ਕਰਮ ਕੇਵਡ ਤੇਰੀ ਦਾਤਿ ॥ ਕਰਮੁ ਧਰਮੁ ਤੇਰੇ ਨਾਮ ਕੀ ਜਾਤਿ ॥੧॥ ਰਹਾਉ ॥ ਤੂ ਏਵਡੁ ਦਾਤਾ ਦੇਵਣਹਾਰੁ ॥ ਤੋਟਿ ਨਾਹੀ ਤੁਧੁ ਭਗਤਿ ਭੰਡਾਰ ॥ ਕੀਆ ਗਰਬੁ ਨ ਆਵੈ ਰਾਸਿ ॥ ਜੀਉ ਪਿੰਡੁ ਸਭੁ ਤੇਰੈ ਪਾਸਿ ॥੨॥ ਤੂ ਮਾਰਿ ਜੀਵਾਲਹਿ ਬਖਸਿ ਮਿਲਾਇ ॥ ਜਿਉ ਭਾਵੀ ਤਿਉ ਨਾਮੁ ਜਪਾਇ ॥ ਤੂੰ ਦਾਨਾ ਬੀਨਾ ਸਾਚਾ ਸਿਰਿ ਮੇਰੈ ॥ ਗੁਰਮਤਿ ਦੇਇ ਭਰੋਸੈ ਤੇਰੈ ॥੩॥ ਤਨ ਮਹਿ ਮੈਲੁ ਨਾਹੀ ਮਨੁ ਰਾਤਾ ॥ ਗੁਰ ਬਚਨੀ ਸਚੁ ਸਬਦਿ ਪਛਾਤਾ ॥ ਤੇਰਾ ਤਾਣੁ ਨਾਮ ਕੀ ਵਡਿਆਈ ॥ ਨਾਨਕ ਰਹਣਾ ਭਗਤਿ ਸਰਣਾਈ ॥੪॥੧੦॥ ਗਉੜੀ ਮਹਲਾ ੧ ॥ ਜਿਨਿ ਅਕਥੁ ਕਹਾਇਆ ਅਪਿਓ ਪੀਆਇਆ ॥ ਅਨ ਭੈ

ਵਿਸਰੇ ਨਾਮਿ ਸਮਾਇਆ ॥੧॥ ਕਿਆ ਡਰੀਐ ਡਰੁ ਡਰਹਿ ਸਮਾਨਾ ॥ ਪੂਰੇ ਗੁਰ ਕੈ ਸਬਦਿ ਪਛਾਨਾ ॥੧॥ ਰਹਾਉ ॥ ਜਿਸੁ ਨਰ ਰਾਮੁ ਰਿਦੈ ਹਰਿ ਰਾਸਿ ॥ ਸਹਜਿ ਸੁਭਾਇ ਮਿਲੇ ਸਾਬਾਸਿ ॥੨॥ ਜਾਹਿ ਸਵਾਰੈ ਸਾਝ ਬਿਆਲ ॥ ਇਤ ਉਤ ਮਨਮੁਖ ਬਾਧੇ ਕਾਲ ॥੩॥ ਅਹਿਨਿਸਿ ਰਾਮੁ ਰਿਦੈ ਸੇ ਪੂਰੇ ॥ ਨਾਨਕ ਰਾਮ ਮਿਲੇ ਭ੍ਰਮ ਦੂਰੇ ॥੪॥੧੧॥ ਗਉੜੀ ਮਹਲਾ ੧ ॥ ਜਨਮਿ ਮਰੈ ਤ੍ਰੈ ਗੁਣ ਹਿਤਕਾਰੁ ॥ ਚਾਰੇ ਬੇਦ ਕਥਹਿ ਆਕਾਰੁ ॥ ਤੀਨਿ ਅਵਸਥਾ ਕਹਹਿ ਵਖਿਆਨੁ ॥ ਤੁਰੀਆਵਸਥਾ ਸਤਿਗੁਰ ਤੇ ਹਰਿ ਜਾਨੁ ॥੧॥ ਰਾਮ ਭਗਤਿ ਗੁਰ ਸੇਵਾ ਤਰਣਾ ॥ ਬਾਹੁੜਿ ਜਨਮੁ ਨ ਹੋਇ ਹੈ ਮਰਣਾ ॥੧॥ ਰਹਾਉ ॥ ਚਾਰਿ ਪਦਾਰਥ ਕਹੈ ਸਭੁ ਕੋਈ ॥ ਸਿੰਮ੍ਰਿਤਿ ਸਾਸਤ ਪੰਡਿਤ ਮੁਖਿ ਸੋਈ ॥ ਬਿਨੁ ਗੁਰ ਅਰਥੁ ਬੀਚਾਰੁ ਨ ਪਾਇਆ ॥ ਮੁਕਤਿ ਪਦਾਰਥੁ ਭਗਤਿ ਹਰਿ ਪਾਇਆ ॥੨॥ ਜਾ ਕੈ ਹਿਰਦੈ ਵਸਿਆ ਹਰਿ ਸੋਈ ॥ ਗੁਰਮੁਖਿ ਭਗਤਿ ਪਰਾਪਤਿ ਹੋਈ ॥ ਹਰਿ ਕੀ ਭਗਤਿ ਮੁਕਤਿ ਆਨੰਦੁ ॥ ਗੁਰਮਤਿ ਪਾਏ ਪਰਮਾਨੰਦੁ ॥੩॥ ਜਿਨਿ ਪਾਇਆ ਗੁਰਿ ਦੇਖਿ ਦਿਖਾਇਆ ॥ ਆਸਾ ਮਾਹਿ ਨਿਰਾਸੁ ਬੁਝਾਇਆ ॥ ਦੀਨਾ ਨਾਥੁ ਸਰਬ ਸੁਖਦਾਤਾ ॥ ਨਾਨਕ ਹਰਿ ਚਰਣੀ ਮਨੁ ਰਾਤਾ ॥੪॥੧੨॥ ਗਉੜੀ ਚੇਤੀ ਮਹਲਾ ੧ ॥ ਅੰਮ੍ਰਿਤ ਕਾਇਆ ਰਹੈ ਸੁਖਾਲੀ ਬਾਜੀ ਇਹੁ ਸੰਸਾਰੋ ॥ ਲਬੁ ਲੋਭੁ ਮੁਚੁ ਕੂੜੁ ਕਮਾਵਹਿ ਬਹੁਤੁ ਉਠਾਵਹਿ ਭਾਰੋ ॥ ਤੂੰ ਕਾਇਆ ਮੈ ਰੁਲਦੀ ਦੇਖੀ ਜਿਉ ਧਰ ਉਪਰਿ ਛਾਰੋ ॥੧॥ ਸੁਣਿ ਸੁਣਿ ਸਿਖ ਹਮਾਰੀ ॥ ਸੁਕ੍ਰਿਤੁ ਕੀਤਾ ਰਹਸੀ ਮੇਰੇ ਜੀਅੜੇ ਬਹੁੜਿ ਨ ਆਵੈ ਵਾਰੀ ॥੧॥ ਰਹਾਉ ॥ ਹਉ ਤੁਧੁ ਆਖਾ ਮੇਰੀ ਕਾਇਆ ਤੂੰ ਸੁਣਿ ਸਿਖ ਹਮਾਰੀ ॥ ਨਿੰਦਾ ਚਿੰਦਾ ਕਰਹਿ ਪਰਾਈ ਝੂਠੀ ਲਾਇਤਬਾਰੀ ॥ ਵੇਲਿ ਪਰਾਈ ਜੋਹਹਿ ਜੀਅੜੇ ਕਰਹਿ ਚੋਰੀ ਬੁਰਿਆਰੀ ॥ ਹੰਸੁ ਚਲਿਆ ਤੂੰ ਪਿਛੈ ਰਹੀਏਹਿ ਛੁਟੜਿ ਹੋਈਅਹਿ ਨਾਰੀ ॥੨॥ ਤੂੰ ਕਾਇਆ ਰਹੀਅਹਿ ਸੁਪਨੰਤਰਿ ਤੁਧੁ ਕਿਆ ਕਰਮ ਕਮਾਇਆ ॥ ਕਰਿ ਚੋਰੀ ਮੈ ਜਾ ਕਿਛੁ ਲੀਆ ਤਾ ਮਨਿ ਭਲਾ ਭਾਇਆ ॥ ਹਲਤਿ ਨ ਸੋਭਾ ਪਲਤਿ ਨ ਢੋਈ ਅਹਿਲਾ ਜਨਮੁ ਗਵਾਇਆ ॥੩॥ ਹਉ ਖਰੀ ਦੁਹੇਲੀ ਹੋਈ ਬਾਬਾ ਨਾਨਕ ਮੇਰੀ ਬਾਤ ਨ ਪੁਛੈ ਕੋਈ ॥੧॥ ਰਹਾਉ ॥ ਤਾਜੀ ਤੁਰਕੀ ਸੁਇਨਾ ਰੁਪਾ ਕਪੜ ਕੇਰੇ ਭਾਰਾ ॥ ਕਿਸ ਹੀ ਨਾਲਿ ਨ ਚਲੇ ਨਾਨਕ ਝੜਿ ਝੜਿ ਪਏ ਗਵਾਰਾ ॥ ਕੂਜਾ ਮੇਵਾ ਮੈ ਸਭ ਕਿਛੁ ਚਾਖਿਆ ਇਕੁ ਅੰਮ੍ਰਿਤੁ ਨਾਮੁ ਤੁਮਾਰਾ ॥੪॥

ਦੇ ਦੇ ਨੀਵ ਦਿਵਾਲ ਉਸਾਰੀ ਭਸਮੰਦਰ ਕੀ ਢੇਰੀ ॥ ਸੰਚੇ ਸੰਚਿ ਨ ਦੇਈ ਕਿਸ ਹੀ ਅੰਧੁ ਜਾਣੈ ਸਭ ਮੇਰੀ ॥ ਸੋਇਨ ਲੰਕਾ ਸੋਇਨ ਮਾੜੀ ਸੰਪੈ ਕਿਸੈ ਨ ਕੇਰੀ ॥੫॥ ਸੁਣਿ ਮੂਰਖ ਮੰਨ ਅਜਾਣਾ ॥ ਹੋਗੁ ਤਿਸੈ ਕਾ ਭਾਣਾ ॥੧॥ ਰਹਾਉ ॥ ਸਾਹੁ ਹਮਾਰਾ ਠਾਕੁਰੁ ਭਾਰਾ ਹਮ ਤਿਸ ਕੇ ਵਣਜਾਰੇ ॥ ਜੀਉ ਪਿੰਡੁ ਸਭ ਰਾਸਿ ਤਿਸੈ ਕੀ ਮਾਰਿ ਆਪੇ ਜੀਵਾਲੇ ॥੬॥੧॥੧੩॥ ਗਉੜੀ ਚੇਤੀ ਮਹਲਾ ੧ ॥ ਅਵਰਿ ਪੰਚ ਹਮ ਏਕ ਜਨਾ ਕਿਉ ਰਾਖਉ ਘਰ ਬਾਰੁ ਮਨਾ ॥ ਮਾਰਹਿ ਲੂਟਹਿ ਨੀਤ ਨੀਤ ਕਿਸੁ ਆਗੈ ਕਰੀ ਪੁਕਾਰ ਜਨਾ ॥੧॥ ਸ੍ਰੀ ਰਾਮ ਨਾਮਾ ਉਚਰੁ ਮਨਾ ॥ ਆਗੈ ਜਮ ਦਲੁ ਬਿਖਮੁ ਘਨਾ ॥੧॥ ਰਹਾਉ ॥ ਉਸਾਰਿ ਮੜੋਲੀ ਰਾਖੈ ਦੁਆਰਾ ਭੀਤਰਿ ਬੈਠੀ ਸਾ ਧਨਾ ॥ ਅੰਮ੍ਰਿਤ ਕੇਲ ਕਰੇ ਨਿਤ ਕਾਮਣਿ ਅਵਰਿ ਲੁਟੇਨਿ ਸੁ ਪੰਚ ਜਨਾ ॥੨॥ ਢਾਹਿ ਮੜੋਲੀ ਲੂਟਿਆ ਦੇਹੁਰਾ ਸਾ ਧਨ ਪਕੜੀ ਏਕ ਜਨਾ ॥ ਜਮ ਡੰਡਾ ਗਲਿ ਸੰਗਲੁ ਪੜਿਆ ਭਾਗਿ ਗਏ ਸੇ ਪੰਚ ਜਨਾ ॥੩॥ ਕਾਮਣਿ ਲੋੜੈ ਸੁਇਨਾ ਰੁਪਾ ਮਿਤ੍ਰ ਲੁੜੇਨਿ ਸੁ ਖਾਧਾਤਾ ॥ ਨਾਨਕ ਪਾਪ ਕਰੇ ਤਿਨ ਕਾਰਣਿ ਜਾਸੀ ਜਮ ਪੁਰਿ ਬਾਧਾਤਾ ॥ ੪॥੨॥੧੪॥ ਗਉੜੀ ਚੇਤੀ ਮਹਲਾ ੧ ॥ ਮੁੰਦ੍ਰਾ ਤੇ ਘਟ ਭੀਤਰਿ ਮੁੰਦ੍ਰਾ ਕਾਂਇਆ ਕੀਜੈ ਖਿੰਥਾਤਾ ॥ ਪੰਚ ਚੇਲੇ ਵਸਿ ਕੀਜਹਿ ਰਾਵਲ ਇਹੁ ਮਨੁ ਕੀਜੈ ਡੰਡਾਤਾ ॥੧॥ ਜੋਗ ਜੁਗਤਿ ਇਵ ਪਾਵਸਿਤਾ ॥ ਏਕੁ ਸਬਦੁ ਦੂਜਾ ਹੋਰੁ ਨਾਸਤਿ ਕੰਦ ਮੂਲਿ ਮਨੁ ਲਾਵਸਿਤਾ ॥੧॥ ਰਹਾਉ ॥ ਮੂੰਡਿ ਮੁੰਡਾਇਐ ਜੇ ਗੁਰੁ ਪਾਈਐ ਹਮ ਗੁਰੁ ਕੀਨੀ ਗੰਗਾਤਾ ॥ ਤ੍ਰਿਭਵਣ ਤਾਰਣਹਾਰੁ ਸੁਆਮੀ ਏਕੁ ਨ ਚੇਤਸਿ ਅੰਧਾਤਾ ॥੨॥ ਕਰਿ ਪਟੰਬੁ ਗਲੀ ਮਨੁ ਲਾਵਸਿ ਸੰਸਾ ਮੂਲਿ ਨ ਜਾਵਸਿਤਾ ॥ ਏਕਸੁ ਚਰਣੀ ਜੇ ਚਿਤੁ ਲਾਵਹਿ ਲਬਿ ਲੋਭਿ ਕੀ ਧਾਵਸਿਤਾ ॥੩॥ ਜਪਸਿ ਨਿਰੰਜਨੁ ਰਚਸਿ ਮਨਾ ॥ ਕਾਹੇ ਬੋਲਹਿ ਜੋਗੀ ਕਪਟੁ ਘਨਾ ॥੧॥ ਰਹਾਉ ॥ ਕਾਇਆ ਕਮਲੀ ਹੰਸੁ ਇਆਣਾ ਮੇਰੀ ਮੇਰੀ ਕਰਤ ਬਿਹਾਣੀਤਾ ॥ ਪ੍ਰਣਵਤਿ ਨਾਨਕੁ ਨਾਗੀ ਦਾਝੈ ਫਿਰਿ ਪਾਛੈ ਪਛੁਤਾਣੀਤਾ ॥੪॥੩॥੧੫॥ ਗਉੜੀ ਚੇਤੀ ਮਹਲਾ ੧ ॥ ਅਉਖਧ ਮੰਤ੍ਰ ਮੂਲੁ ਮਨ ਏਕੈ ਜੇ ਕਰਿ ਦ੍ਰਿੜੁ ਚਿਤੁ ਕੀਜੈ ਰੇ ॥ ਜਨਮ ਜਨਮ ਕੇ ਪਾਪ ਕਰਮ ਕੇ ਕਾਟਨਹਾਰਾ ਲੀਜੈ ਰੇ ॥੧॥ ਮਨ ਏਕੋ ਸਾਹਿਬੁ ਭਾਈ ਰੇ ॥ ਤੇਰੇ ਤੀਨਿ ਗੁਣਾ ਸੰਸਾਰਿ ਸਮਾਵਹਿ ਅਲਖੁ ਨ ਲਖਣਾ ਜਾਈ ਰੇ ॥੧॥ ਰਹਾਉ ॥ ਸਕਰ ਖੰਡੁ ਮਾਇਆ ਤਨਿ ਮੀਠੀ ਹਮ ਤਉ ਪੰਡ ਉਚਾਈ ਰੇ ॥ ਰਾਤਿ ਅਨੇਰੀ ਸੂਝਸਿ ਨਾਹੀ ਲਜੁ ਟੂਕਸਿ

ਮੂਸਾ ਭਾਈ ਰੇ ॥੨॥ ਮਨਮੁਖਿ ਕਰਹਿ ਤੇਤਾ ਦੁਖੁ ਲਾਗੈ ਗੁਰਮੁਖਿ ਮਿਲੈ ਵਡਾਈ ਰੇ ॥ ਜੋ ਤਿਨਿ ਕੀਆ ਸੋਈ ਹੋਆ ਕਿਰਤੁ ਨ ਮੇਟਿਆ ਜਾਈ ਰੇ ॥੩॥ ਸੁਭਰ ਭਰੇ ਨ ਹੋਵਹਿ ਊਣੇ ਜੋ ਰਾਤੇ ਰੰਗੁ ਲਾਈ ਰੇ ॥ ਤਿਨ ਕੀ ਪੰਕ ਹੋਵੈ ਜੇ ਨਾਨਕੁ ਤਉ ਮੂੜਾ ਕਿਛੁ ਪਾਈ ਰੇ ॥੪॥੪॥੧੬॥ ਗਉੜੀ ਚੇਤੀ ਮਹਲਾ ੧ ॥ ਕਤ ਕੀ ਮਾਈ ਬਾਪੁ ਕਤ ਕੇਰਾ ਕਿਦੂ ਥਾਵਹੁ ਹਮ ਆਏ ॥ ਅਗਨਿ ਬਿੰਬ ਜਲ ਭੀਤਰਿ ਨਿਪਜੇ ਕਾਹੇ ਕੰਮਿ ਉਪਾਏ ॥੧॥ ਮੇਰੇ ਸਾਹਿਬਾ ਕਉਣੁ ਜਾਣੈ ਗੁਣ ਤੇਰੇ ॥ ਕਹੇ ਨ ਜਾਨੀ ਅਉਗਣ ਮੇਰੇ ॥੧॥ ਰਹਾਉ ॥ ਕੇਤੇ ਰੁਖ ਬਿਰਖ ਹਮ ਚੀਨੇ ਕੇਤੇ ਪਸੂ ਉਪਾਏ ॥ ਕੇਤੇ ਨਾਗ ਕੁਲੀ ਮਹਿ ਆਏ ਕੇਤੇ ਪੰਖ ਉਡਾਏ ॥੨॥ ਹਟ ਪਟਣ ਬਿਜ ਮੰਦਰ ਭੰਨੈ ਕਰਿ ਚੋਰੀ ਘਰਿ ਆਵੈ ॥ ਅਗਹੁ ਦੇਖੈ ਪਿਛਹੁ ਦੇਖੈ ਤੁਝ ਤੇ ਕਹਾ ਛਪਾਵੈ ॥੩॥ ਤਟ ਤੀਰਥ ਹਮ ਨਵ ਖੰਡ ਦੇਖੇ ਹਟ ਪਟਣ ਬਾਜਾਰਾ ॥ ਲੈ ਕੈ ਤਕੜੀ ਤੋਲਣਿ ਲਾਗਾ ਘਟ ਹੀ ਮਹਿ ਵਣਜਾਰਾ ॥੪॥ ਜੇਤਾ ਸਮੁੰਦੁ ਸਾਗਰੁ ਨੀਰਿ ਭਰਿਆ ਤੇਤੇ ਅਉਗਣ ਹਮਾਰੇ ॥ ਦਇਆ ਕਰਹੁ ਕਿਛੁ ਮਿਹਰ ਉਪਾਵਹੁ ਡੁਬਦੇ ਪਥਰ ਤਾਰੇ ॥੫॥ ਜੀਅੜਾ ਅਗਨਿ ਬਰਾਬਰਿ ਤਪੈ ਭੀਤਰਿ ਵਗੈ ਕਾਤੀ ॥ ਪ੍ਰਣਵਤਿ ਨਾਨਕੁ ਹੁਕਮੁ ਪਛਾਣੈ ਸੁਖੁ ਹੋਵੈ ਦਿਨੁ ਰਾਤੀ ॥੬॥੫॥੧੭॥ ਗਉੜੀ ਬੈਰਾਗਣਿ ਮਹਲਾ ੧ ॥ ਰੈਣਿ ਗਵਾਈ ਸੋਇ ਕੈ ਦਿਵਸੁ ਗਵਾਇਆ ਖਾਇ ॥ ਹੀਰੇ ਜੈਸਾ ਜਨਮੁ ਹੈ ਕਉਡੀ ਬਦਲੇ ਜਾਇ ॥੧॥ ਨਾਮੁ ਨ ਜਾਨਿਆ ਰਾਮ ਕਾ ॥ ਮੂੜੇ ਫਿਰਿ ਪਾਛੈ ਪਛੁਤਾਹਿ ਰੇ ॥੧॥ ਰਹਾਉ ॥ ਅਨਤਾ ਧਨੁ ਧਰਣੀ ਧਰੇ ਅਨਤ ਨ ਚਾਹਿਆ ਜਾਇ ॥ ਅਨਤ ਕਉ ਚਾਹਨ ਜੋ ਗਏ ਸੇ ਆਏ ਅਨਤ ਗਵਾਇ ॥੨॥ ਆਪਣ ਲੀਆ ਜੇ ਮਿਲੈ ਤਾ ਸਭੁ ਕੋ ਭਾਗਠੁ ਹੋਇ ॥ ਕਰਮਾ ਉਪਰਿ ਨਿਬੜੈ ਜੇ ਲੋਚੈ ਸਭੁ ਕੋਇ ॥੩॥ ਨਾਨਕ ਕਰਣਾ ਜਿਨਿ ਕੀਆ ਸੋਈ ਸਾਰ ਕਰੇਇ ॥ ਹੁਕਮੁ ਨ ਜਾਪੀ ਖਸਮ ਕਾ ਕਿਸੈ ਵਡਾਈ ਦੇਇ ॥੪॥੧॥੧੮॥ ਗਉੜੀ ਬੈਰਾਗਣਿ ਮਹਲਾ ੧ ॥ ਹਰਣੀ ਹੋਵਾ ਬਨਿ ਬਸਾ ਕੰਦ ਮੂਲ ਚੁਣਿ ਖਾਉ ॥ ਗੁਰ ਪਰਸਾਦੀ ਮੇਰਾ ਸਹੁ ਮਿਲੈ ਵਾਰਿ ਵਾਰਿ ਹਉ ਜਾਉ ਜੀਉ ॥੧॥ ਮੈ ਬਨਜਾਰਨਿ ਰਾਮ ਕੀ ॥ ਤੇਰਾ ਨਾਮੁ ਵਖਰੁ ਵਾਪਾਰੁ ਜੀ ॥੧॥ ਰਹਾਉ ॥ ਕੋਕਿਲ ਹੋਵਾ ਅੰਬਿ ਬਸਾ ਸਹਜਿ ਸਬਦ ਬੀਚਾਰੁ ॥ ਸਹਜਿ ਸੁਭਾਇ ਮੇਰਾ ਸਹੁ ਮਿਲੈ ਦਰਸਨਿ ਰੂਪਿ ਅਪਾਰੁ ॥੨॥ ਮਛੁਲੀ ਹੋਵਾ ਜਲਿ ਬਸਾ ਜੀਅ ਜੰਤ ਸਭਿ ਸਾਰਿ ॥ ਉਰਵਾਰਿ ਪਾਰਿ

ਮੇਰਾ ਸਹੁ ਵਸੈ ਹਉ ਮਿਲਉਗੀ ਬਾਹ ਪਸਾਰਿ ॥੩॥ ਨਾਗਨਿ ਹੋਵਾ ਧਰ ਵਸਾ ਸਬਦੁ ਵਸੈ ਭਉ ਜਾਇ ॥ ਨਾਨਕ ਸਦਾ ਸੋਹਾਗਣੀ ਜਿਨ ਜੋਤੀ ਜੋਤਿ ਸਮਾਇ ॥੪॥੨॥੧੯॥

ਗਉੜੀ ਪੂਰਬੀ ਦੀਪਕੀ ਮਹਲਾ ੧

ਅੰਗ 157 ’ਤੇ ਗਉੜੀ ਪੂਰਬੀ ਦੀਪਕੀ ਬਾਣੀ ਦਰਜ ਹੈ।

ਗਉੜੀ ਪੂਰਬੀ ਦੀਪਕੀ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਹੁ ਸਿਰਜਣਹਾਰੋ ॥ ੧॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਾਉ ਜਿਤੁ ਸਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥ ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥ ਤੇਰੇ ਦਾਨੈ ਕੀਮਤਿ ਨ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥ ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥ ਦੇਹੁ ਸਜਣ ਆਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥ ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥ ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਅਵੰਨਿ ॥੪॥੧॥੨੦॥

ਅੰਗ 157 ਤੋਂ ਰਾਗੁ ਗਉੜੀ ਗੁਆਰੇਰੀ ਚਉਪਦੇ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 185 ਤੱਕ ਹੈ। ਇਸ ਵਿਚ ਤੀਜੇ, ਚੌਥੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਹੈ।

ਅੰਗ 185 ਤੋਂ ਰਾਗੁ ਗਉੜੀ ਗੁਆਰੇਰੀ ਮਹਲਾ ੫ ਚਉਪਦੇ ਦੁਪਦੇ ਬਾਣੀ ਸ਼ੁਰੂ ਹੋ ਜਾਂਦੀ ਹੋ, ਜੋ ਅੰਗ 202 ਤੱਕ ਹੈ।

ਅੰਗ 202 ਰਾਗੁ ਗਉੜੀ ਚੇਤੀ ਮਹਲਾ ੫ ਦੁਪਦੇ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਕਿ ਅੰਗ 203 ਤੱਕ ਹੈ।

ਅੰਗ 203 'ਤੇ ਰਾਗੁ ਗਉੜੀ ਬੈਰਾਗਣਿ ਮਹਲਾ ੫ ਅਤੇ ਗਉੜੀ ਬੈਰਾਗਣਿ ਰਹੋਏ ਕੇ ਛੰਤ ਕੇ ਘਰਿ ਮਃ ੫ ਬਾਣੀ ਹੈ।

ਅੰਗ 204 'ਤੇ ਰਾਗੁ ਗਉੜੀ ਪੂਰਬੀ ਮਹਲਾ ੫ ਬਾਣੀ ਹੈ ਅਤੇ ਰਾਗੁ ਗਉੜੀ ਪੂਰਬੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ।

ਅੰਗ 210 ਤੋਂ ਅੰਗ 214 ਤੱਕ ਰਾਗੁ ਗਉੜੀ ਚੇਤੀ ੧ ਮਹਲਾ ੫ ਅਤੇ ਰਾਗੁ ਗਉੜੀ ਮਹਲਾ ੫ ਬਾਣੀ ਹੈ।

ਅੰਗ 214 'ਤੇ ਰਾਗੁ ਗੌੜੀ ਮਾਲਵਾ ਮਹਲਾ ੫ ਬਾਣੀ ਹੈ ਅਤੇ ਰਾਗੁ ਗਉੜੀ ਮਾਲਾ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 216 ਤੱਕ ਹੈ।

ਅੰਗ 216 ਤੋਂ ਰਾਗੁ ਗਉੜੀ ਮਾਝ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 218 ਤੱਕ ਹੈ।

ਅੰਗ 219 ਤੋਂ ਰਾਗੁ ਗਉੜੀ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 220 ਤੱਕ ਹੈ।

ਰਾਗੁ ਗਉੜੀ ਅਸਟਪਦੀਆ ਮਹਲਾ ੧ ਗਉੜੀ ਗੁਆਰੇਰੀ

ਅੰਗ 220 ਤੋਂ ਰਾਗੁ ਗਉੜੀ ਅਸਟਪਦੀਆ ਮਹਲਾ ੧ ਗਉੜੀ ਗੁਆਰੇਰੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 228 ਤੱਕ ਹੈ।

ਰਾਗੁ ਗਉੜੀ ਅਸਟਪਦੀਆ ਮਹਲਾ ੧ ਗਉੜੀ ਗੁਆਰੇਰੀ ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

ਨਿਧਿ ਸਿਧਿ ਨਿਰਮਲ ਨਾਮੁ ਬੀਚਾਰੁ ॥ ਪੂਰਨ ਪੂਰਿ ਰਹਿਆ ਬਿਖੁ ਮਾਰਿ ॥ ਤ੍ਰਿਕੁਟੀ ਛੂਟੀ ਬਿਮਲ ਮਝਾਰਿ ॥ ਗੁਰਿ ਕੀ ਮਤਿ ਜੀਇ ਆਈ ਕਾਰਿ ॥੧॥ ਇਨ ਬਿਧਿ ਰਾਮ ਰਮਤ ਮਨੁ ਮਾਨਿਆ ॥ ਗਿਆਨ ਅੰਜਨੁ ਗੁਰ ਸਬਦਿ ਪਛਾਨਿਆ ॥੧॥ ਰਹਾਉ ॥ ਇਕੁ ਸੁਖੁ ਮਾਨਿਆ ਸਹਜਿ ਮਿਲਾਇਆ ॥ ਨਿਰਮਲ ਬਾਣੀ ਭਰਮੁ ਚੁਕਾਇਆ ॥ ਲਾਲ ਭਏ ਸੂਹਾ ਰੰਗੁ ਮਾਇਆ ॥ ਨਦਰਿ ਭਈ ਬਿਖੁ ਠਾਕਿ ਰਹਾਇਆ ॥੨॥ ਉਲਟ ਭਈ ਜੀਵਤ ਮਰਿ ਜਾਗਿਆ ॥ ਸਬਦਿ ਰਵੇ ਮਨੁ ਹਰਿ ਸਿਉ ਲਾਗਿਆ ॥ ਰਸੁ ਸੰਗ੍ਰਹਿ ਬਿਖੁ ਪਰਹਰਿ ਤਿਆਗਿਆ ॥ ਭਾਇ ਬਸੇ ਜਮ ਕਾ ਭਉ ਭਾਗਿਆ ॥੩॥ ਸਾਦ ਰਹੇ ਬਾਦੰ ਅਹੰਕਾਰਾ ॥ ਚਿਤੁ ਹਰਿ ਸਿਉ ਰਾਤਾ ਹੁਕਮਿ ਅਪਾਰਾ ॥ ਜਾਤਿ ਰਹੇ ਪਤਿ ਕੇ ਆਚਾਰਾ ॥ ਦ੍ਰਿਸਟਿ ਭਈ ਸੁਖੁ ਆਤਮ ਧਾਰਾ ॥੪॥ ਤੁਝ ਬਿਨੁ ਕੋਇ ਨ ਦੇਖਉ ਮੀਤੁ ॥ ਕਿਸੁ ਸੇਵਉ ਕਿਸੁ ਦੇਵਉ ਚੀਤੁ ॥ ਕਿਸੁ ਪੂਛਉ ਕਿਸੁ ਲਾਗਉ ਪਾਇ ॥ ਕਿਸੁ ਉਪਦੇਸਿ ਰਹਾ ਲਿਵ ਲਾਇ ॥੫॥ ਗੁਰ ਸੇਵੀ ਗੁਰ ਲਾਗਉ ਪਾਇ ॥ ਭਗਤਿ ਕਰੀ ਰਾਚਉ ਹਰਿ ਨਾਇ ॥ ਸਿਖਿਆ ਦੀਖਿਆ ਭੋਜਨ ਭਾਉ ॥ ਹੁਕਮਿ ਸੰਜੋਗੀ ਨਿਜ ਘਰਿ ਜਾਉ ॥੬॥ ਗਰਬ ਗਤੰ ਸੁਖ ਆਤਮ ਧਿਆਨਾ ॥ ਜੋਤਿ ਭਈ ਜੋਤੀ ਮਾਹਿ ਸਮਾਨਾ ॥ ਲਿਖਤੁ ਮਿਟੈ ਨਹੀ ਸਬਦੁ ਨੀਸਾਨਾ ॥ ਕਰਤਾ ਕਰਣਾ ਕਰਤਾ

ਜਾਨਾ ॥੭॥ ਨਹ ਪੰਡਿਤੁ ਨਹ ਚਤੁਰੁ ਸਿਆਨਾ ॥ ਨਹ ਭੂਲੋ ਨਹ ਭਰਮਿ ਭੁਲਾਨਾ ॥ ਕਥਉ ਨ ਕਥਨੀ ਹੁਕਮੁ ਪਛਾਨਾ ॥ ਨਾਨਕ ਗੁਰਮਤਿ ਸਹਜਿ ਸਮਾਨਾ ॥੮॥੧॥

ਗਉੜੀ ਗੁਆਰੇਰੀ ਮਹਲਾ ੧ ॥ ਮਨੁ ਕੁੰਚਰੁ ਕਾਇਆ ਉਦਿਆਨੈ ॥ ਗੁਰੁ ਅੰਕਸੁ ਸਚੁ ਸਬਦੁ ਨੀਸਾਨੈ ॥ ਰਾਜ ਦੁਆਰੈ ਸੋਭ ਸੁ ਮਾਨੈ ॥੧॥ ਚਤੁਰਾਈ ਨਹ ਚੀਨਿਆ ਜਾਇ ॥ ਬਿਨੁ ਮਾਰੇ ਕਿਉ ਕੀਮਤਿ ਪਾਇ ॥੧॥ ਰਹਾਉ ॥ ਘਰ ਮਹਿ ਅੰਮ੍ਰਿਤੁ ਤਸਕਰੁ ਲੇਈ ॥ ਨੰਨਾਕਾਰੁ ਨ ਕੋਇ ਕਰੇਈ ॥ ਰਾਖੈ ਆਪਿ ਵਡਿਆਈ ਦੇਈ ॥੨॥ ਨੀਲ ਅਨੀਲ ਅਗਨਿ ਇਕ ਠਾਈ ॥ ਜਲਿ ਨਿਵਰੀ ਗੁਰਿ ਬੂਝ ਬੁਝਾਈ ॥ ਮਨੁ ਦੇ ਲੀਆ ਰਹਸਿ ਗੁਣ ਗਾਈ ॥੩॥ ਜੈਸਾ ਘਰਿ ਬਾਹਰਿ ਸੋ ਤੈਸਾ ॥ ਬੈਸਿ ਗੁਫਾ ਮਹਿ ਆਖਉ ਕੈਸਾ ॥ ਸਾਗਰਿ ਡੂਗਰਿ ਨਿਰਭਉ ਐਸਾ ॥੪॥ ਮੂਏ ਕਉ ਕਹੁ ਮਾਰੇ ਕਉਨੁ ॥ ਨਿਡਰੇ ਕਉ ਕੈਸਾ ਡਰੁ ਕਵਨੁ ॥ ਸਬਦਿ ਪਛਾਨੈ ਤੀਨੇ ਭਉਨ ॥੫॥ ਜਿਨਿ ਕਹਿਆ ਤਿਨਿ ਕਹਨੁ ਵਖਾਨਿਆ ॥ ਜਿਨਿ ਬੂਝਿਆ ਤਿਨਿ ਸਹਜਿ ਪਛਾਨਿਆ ॥ ਦੇਖਿ ਬੀਚਾਰਿ ਮੇਰਾ ਮਨੁ ਮਾਨਿਆ ॥੬॥ ਕੀਰਤਿ ਸੂਰਤਿ ਮੁਕਤਿ ਇਕ ਨਾਈ ॥ ਤਹੀ ਨਿਰੰਜਨੁ ਰਹਿਆ ਸਮਾਈ ॥ ਨਿਜ ਘਰਿ ਬਿਆਪਿ ਰਹਿਆ ਨਿਜ ਠਾਈ ॥੭॥ ਉਸਤਤਿ ਕਰਹਿ ਕੇਤੇ ਮੁਨਿ ਪ੍ਰੀਤਿ ॥ ਤਨਿ ਮਨਿ ਸੂਚੈ ਸਾਚੁ ਸੁ ਚੀਤਿ ॥ ਨਾਨਕ ਹਰਿ ਭਜੁ ਨੀਤਾ ਨੀਤਿ ॥੮॥੨॥ ਗਉੜੀ ਗੁਆਰੇਰੀ ਮਹਲਾ ੧ ॥ ਨਾ ਮਨੁ ਮਰੈ ਨ ਕਾਰਜੁ ਹੋਇ ॥ ਮਨੁ ਵਸਿ ਦੂਤਾ ਦੁਰਮਤਿ ਦੋਇ ॥ ਮਨੁ ਮਾਨੈ ਗੁਰ ਤੇ ਇਕੁ ਹੋਇ ॥੧॥ ਨਿਰਗੁਣ ਰਾਮੁ ਗੁਣਹ ਵਸਿ ਹੋਇ ॥ ਆਪੁ ਨਿਵਾਰਿ ਬੀਚਾਰੇ ਸੋਇ ॥੧॥ ਰਹਾਉ ॥ ਮਨੁ ਭੂਲੋ ਬਹੁ ਚਿਤੈ ਵਿਕਾਰੁ ॥ ਮਨੁ ਭੂਲੋ ਸਿਰਿ ਆਵੈ ਭਾਰੁ ॥ ਮਨੁ ਮਾਨੈ ਹਰਿ ਏਕੰਕਾਰੁ ॥੨॥ ਮਨੁ ਭੂਲੋ ਮਾਇਆ ਘਰਿ ਜਾਇ ॥ ਕਾਮਿ ਬਿਰੂਧਉ ਰਹੈ ਨ ਠਾਇ ॥ ਹਰਿ ਭਜੁ ਪ੍ਰਾਣੀ ਰਸਨ ਰਸਾਇ ॥੩॥ ਗੈਵਰ ਹੈਵਰ ਕੰਚਨ ਸੁਤ ਨਾਰੀ ॥ ਬਹੁ ਚਿੰਤਾ ਪਿੜ ਚਾਲੈ ਹਾਰੀ ॥ ਜੂਐ ਖੇਲਣੁ ਕਾਚੀ ਸਾਰੀ ॥੪॥ ਸੰਪਉ ਸੰਚੀ ਭਏ ਵਿਕਾਰ ॥ ਹਰਖ ਸੋਕ ਉਭੇ ਦਰਵਾਰਿ ॥ ਸੁਖੁ ਸਹਜੇ ਜਪਿ ਰਿਦੈ ਮੁਰਾਰਿ ॥੫॥ ਨਦਰਿ ਕਰੇ ਤਾ ਮੇਲਿ ਮਿਲਾਏ ॥ ਗੁਣ ਸੰਗ੍ਰਹਿ ਅਉਗਣ ਸਬਦਿ ਜਲਾਏ ॥ ਗੁਰਮੁਖਿ ਨਾਮੁ ਪਦਾਰਥੁ ਪਾਏ ॥੬॥ ਬਿਨੁ ਨਾਵੈ ਸਭ ਦੂਖ ਨਿਵਾਸੁ ॥ ਮਨਮੁਖ

ਮੂੜ ਮਾਇਆ ਚਿਤ ਵਾਸੁ ॥ ਗੁਰਮੁਖਿ ਗਿਆਨੁ ਧੁਰਿ ਕਰਮਿ ਲਿਖਿਆਸੁ ॥੭॥ ਮਨੁ ਚੰਚਲੁ ਧਾਵਤੁ ਫੁਨਿ ਧਾਵੈ ॥ ਸਾਚੇ ਸੂਚੇ ਮੈਲੁ ਨ ਭਾਵੈ ॥ ਨਾਨਕ ਗੁਰਮੁਖਿ ਹਰਿ ਗੁਣ ਗਾਵੈ ॥੮॥੩॥ ਗਉੜੀ ਗੁਆਰੇਰੀ ਮਹਲਾ ੧ ॥ ਹਉਮੈ ਕਰਤਿਆ ਨਹ ਸੁਖੁ ਹੋਇ ॥ ਮਨਮਤਿ ਝੂਠੀ ਸਚਾ ਸੋਇ ॥ ਸਗਲ ਬਿਗੂਤੇ ਭਾਵੈ ਦੋਇ ॥ ਸੋ ਕਮਾਵੈ ਧੁਰਿ ਲਿਖਿਆ ਹੋਇ ॥੧॥ ਐਸਾ ਜਗੁ ਦੇਖਿਆ ਜੂਆਰੀ ॥ ਸਭਿ ਸੁਖ ਮਾਗੈ ਨਾਮੁ ਬਿਸਾਰੀ ॥੧॥ ਰਹਾਉ ॥ ਅਦਿਸਟੁ ਦਿਸੈ ਤਾ ਕਹਿਆ ਜਾਇ ॥ ਬਿਨੁ ਦੇਖੇ ਕਹਣਾ ਬਿਰਥਾ ਜਾਇ ॥ ਗੁਰਮੁਖਿ ਦੀਸੈ ਸਹਜਿ ਸੁਭਾਇ ॥ ਸੇਵਾ ਸੁਰਤਿ ਏਕ ਲਿਵ ਲਾਇ ॥੨॥ ਸੁਖੁ ਮਾਂਗਤ ਦੁਖੁ ਆਗਲ ਹੋਇ ॥ ਸਗਲ ਵਿਕਾਰੀ ਹਾਰੁ ਪਰੋਇ ॥ ਏਕ ਬਿਨਾ ਝੂਠੇ ਮੁਕਤਿ ਨ ਹੋਇ ॥ ਕਰਿ ਕਰਿ ਕਰਤਾ ਦੇਖੈ ਸੋਇ ॥੩॥ ਤ੍ਰਿਸਨਾ ਅਗਨਿ ਸਬਦਿ ਬੁਝਾਏ ॥ ਦੂਜਾ ਭਰਮੁ ਸਹਜਿ ਸੁਭਾਏ ॥ ਗੁਰਮਤੀ ਨਾਮੁ ਰਿਦੈ ਵਸਾਏ ॥ ਸਾਚੀ ਬਾਣੀ ਹਰਿ ਗੁਣ ਗਾਏ ॥੪॥ ਤਨ ਮਹਿ ਸਾਚੋ ਗੁਰਮੁਖਿ ਭਾਉ ॥ ਨਾਮ ਬਿਨਾ ਨਾਹੀ ਨਿਜ ਠਾਉ ॥ ਪ੍ਰੇਮ ਪਰਾਇਣ ਪ੍ਰੀਤਮ ਰਾਉ ॥ ਨਦਰਿ ਕਰੈ ਤਾ ਬੂਝੈ ਨਾਉ ॥੫॥ ਮਾਇਆ ਮੋਹੁ ਸਰਬ ਜੰਜਾਲਾ ॥ ਮਨਮੁਖ ਕੁਚੀਲ ਕੁਛਿਤ ਬਿਕਰਾਲਾ ॥ ਸਤਿਗੁਰੁ ਸੇਵੇ ਚੂਕੈ ਜੰਜਾਲਾ ॥ ਅੰਮ੍ਰਿਤ ਨਾਮੁ ਸਦਾ ਸੁਖੁ ਨਾਲਾ ॥੬॥ ਗੁਰਮੁਖਿ ਬੂਝੈ ਏਕ ਲਿਵ ਲਾਏ ॥ ਨਿਜ ਘਰਿ ਵਾਸੈ ਸਾਚਿ ਸਮਾਏ ॥ ਜੰਮਣੁ ਮਰਣਾ ਠਾਕਿ ਰਹਾਏ ॥ ਪੂਰੈ ਗੁਰ ਤੇ ਇਹ ਮਤਿ ਪਾਏ ॥੧॥ ਕਥਨੀ ਕਥਉ ਨ ਆਵੈ ਓਰੁ ॥ ਗੁਰੁ ਪੁਛਿ ਦੇਖਿਆ ਨਾਹੀ ਦਰੁ ਹੋਰੁ ॥ ਦੁਖੁ ਸੁਖੁ ਭਾਣੈ ਤਿਸੈ ਰਜਾਇ ॥ ਨਾਨਕੁ ਨੀਚੁ ਕਹੈ ਲਿਵ ਲਾਇ ॥੮॥੪॥ ਗਉੜੀ ਮਹਲਾ ੧ ॥ ਦੂਜੀ ਮਾਇਆ ਜਗਤ ਚਿਤ ਵਾਸੁ ॥ ਕਾਮ ਕ੍ਰੋਧ ਅਹੰਕਾਰ ਬਿਨਾਸੁ ॥੧॥ ਦੂਜਾ ਕਉਣੁ ਕਹਾ ਨਹੀ ਕੋਈ ॥ ਸਭ ਮਹਿ ਏਕੁ ਨਿਰੰਜਨੁ ਸੋਈ ॥੧॥ ਰਹਾਉ ॥ ਦੂਜੀ ਦੁਰਮਤਿ ਆਖੈ ਦੋਇ ॥੧॥ ਆਵੈ ਜਾਇ ਮਰਿ ਦੂਜਾ ਹੋਇ ॥੨॥ ਧਰਣਿ ਗਗਨ ਨਹ ਦੇਖਉ ਦੋਇ ॥ ਨਾਰੀ ਪੁਰਖ ਸਬਾਈ ਲੋਇ ॥੩॥ ਰਵਿ ਸਸਿ ਦੇਖਉ ਦੀਪਕ ਉਜਿਆਲਾ ॥ ਸਰਬ ਨਿਰੰਤਰਿ ਪ੍ਰੀਤਮੁ ਬਾਲਾ ॥੪॥ ਕਰਿ ਕਿਰਪਾ ਮੇਰਾ ਚਿਤੁ ਲਾਇਆ ॥ ਸਤਿਗੁਰਿ ਮੋ ਕਉ ਏਕੁ ਬੁਝਾਇਆ ॥੫॥ ਏਕੁ ਨਿਰੰਜਨੁ ਗੁਰਮੁਖਿ

ਜਾਤਾ ॥ ਦੂਜਾ ਮਾਰਿ ਸਬਦਿ ਪਛਾਤਾ ॥੬॥ ਏਕੋ ਹੁਕਮੁ ਵਰਤੈ ਸਭ ਲੋਈ ॥ ਏਕਸੁ ਤੇ ਸਭ ਓਪਤਿ ਹੋਈ ॥੭॥ ਰਾਹ ਦੋਵੈ ਖਸਮੁ ਏਕੋ ਜਾਣੁ ॥ ਗੁਰ ਕੈ ਸਬਦਿ ਹੁਕਮੁ ਪਛਾਣੁ ॥੮॥ ਸਗਲ ਰੂਪ ਵਰਨ ਮਨ ਮਾਹੀ ॥ ਕਹੁ ਨਾਨਕ ਏਕੋ ਸਾਲਾਹੀ ॥ ੯॥੫॥

ਗਉੜੀ ਮਹਲਾ ੧ ॥ ਅਧਿਆਤਮ ਕਰਮ ਕਰੇ ਤਾ ਸਾਚਾ ॥ ਮੁਕਤਿ ਭੇਦੁ ਕਿਆ ਜਾਣੈ ਕਾਚਾ ॥੧॥ ਐਸਾ ਜੋਗੀ ਜੁਗਤਿ ਬੀਚਾਰੈ ॥ ਪੰਚ ਮਾਰਿ ਸਾਚੁ ਉਰਿ ਧਾਰੈ ॥੧॥ ਰਹਾਉ ॥ ਜਿਸ ਕੈ ਅੰਤਰਿ ਸਾਚੁ ਵਸਾਵੈ ॥ ਜੋਗ ਜੁਗਤਿ ਕੀ ਕੀਮਤਿ ਪਾਵੈ ॥੨॥ ਰਵਿ ਸਸਿ ਏਕੋ ਗ੍ਰਿਹ ਉਦਿਆਨੈ ॥ ਕਰਣੀ ਕੀਰਤਿ ਕਰਮ ਸਮਾਨੈ ॥੩॥ ਏਕ ਸਬਦ ਇਕ ਭਿਖਿਆ ਮਾਗੈ ॥ ਗਿਆਨੁ ਧਿਆਨੁ ਜੁਗਤਿ ਸਚੁ ਜਾਗੈ ॥੪॥ ਭੈ ਰਚਿ ਰਹੈ ਨ ਬਾਹਰਿ ਜਾਇ ॥ ਕੀਮਤਿ ਕਉਣ ਰਹੈ ਲਿਵ ਲਾਇ ॥੫॥ ਆਪੇ ਮੇਲੇ ਭਰਮੁ ਚੁਕਾਏ ॥ ਗੁਰ ਪਰਸਾਦਿ ਪਰਮ ਪਦੁ ਪਾਏ ॥੬॥ ਗੁਰ ਕੀ ਸੇਵਾ ਸਬਦੁ ਵੀਚਾਰੁ ॥ ਹਉਮੈ ਮਾਰੇ ਕਰਣੀ ਸਾਰੁ ॥੭॥ ਜਪ ਤਪ ਸੰਜਮ ਪਾਠ ਪੁਰਾਣੁ ॥ ਕਹੁ ਨਾਨਕ ਅਪਰੰਪਰ ਮਾਨੁ ॥੮॥੬॥ ਗਉੜੀ ਮਹਲਾ ੧ ॥ ਖਿਮਾ ਗਹੀ ਬ੍ਰਤੁ ਸੀਲ ਸੰਤੋਖੰ ॥ ਰੋਗੁ ਨ ਬਿਆਪੈ ਨਾ ਜਮ ਦੋਖੰ ॥ ਮੁਕਤ ਭਏ ਪ੍ਰਭ ਰੂਪ ਨ ਰੇਖੰ ॥੧॥ ਜੋਗੀ ਕਉ ਕੈਸਾ ਡਰੁ ਹੋਇ ॥ ਰੂਖਿ ਬਿਰਖਿ ਗ੍ਰਿਹਿ ਬਾਹਰਿ ਸੋਇ ॥ ੧॥ ਰਹਾਉ ॥ ਨਿਰਭਉ ਜੋਗੀ ਨਿਰੰਜਨੁ ਧਿਆਵੈ ॥ ਅਨਦਿਨੁ ਜਾਗੈ ਸਚਿ ਲਿਵ ਲਾਵੈ ॥ ਸੋ ਜੋਗੀ ਮੇਰੈ ਮਨਿ ਭਾਵੈ ॥੨॥ ਕਾਲੁ ਜਾਲੁ ਬ੍ਰਹਮ ਅਗਨੀ ਜਾਰੇ ॥ ਜਰਾ ਮਰਣ ਗਤੁ ਗਰਬੁ ਨਿਵਾਰੇ ॥ ਆਪਿ ਤਰੈ ਪਿਤਰੀ ਨਿਸਤਾਰੇ ॥੩॥ ਸਤਿਗੁਰੁ ਸੇਵੇ ਸੋ ਜੋਗੀ ਹੋਇ ॥ ਭੈ ਰਚਿ ਰਹੈ ਸੁ ਨਿਰਭਉ ਹੋਇ ॥ ਜੈਸਾ ਸੇਵੈ ਤੈਸੋ ਹੋਇ ॥ ੪॥ ਨਰ ਨਿਹਕੇਵਲ ਨਿਰਭਉ ਨਾਉ ॥ ਅਨਾਥਹ ਨਾਥ ਕਰੇ ਬਲਿ ਜਾਉ ॥ ਪੁਨਰਪਿ ਜਨਮੁ ਨਾਹੀ ਗੁਣ ਗਾਉ ॥ ੫॥ ਅੰਤਰਿ ਬਾਹਰਿ ਏਕੋ ਜਾਣੈ ॥ ਗੁਰ ਕੈ ਸਬਦੇ ਆਪੁ ਪਛਾਣੈ ॥ ਸਾਚੈ ਸਬਦਿ ਦਰਿ ਨੀਸਾਣੈ ॥੬॥ ਸਬਦਿ ਮਰੈ ਤਿਸੁ ਨਿਜ ਘਰਿ ਵਾਸਾ ॥ ਆਵੈ ਨ ਜਾਵੈ ਚੂਕੈ ਆਸਾ ॥ ਗੁਰ ਕੈ ਸਬਦਿ ਕਮਲੁ ਪਰਗਾਸਾ ॥੭॥ ਜੋ ਦੀਸੈ ਸੋ ਆਸ ਨਿਰਾਸਾ ॥ ਕਾਮ ਕਰੋਧ ਬਿਖੁ ਭੂਖ ਪਿਆਸਾ ॥ ਨਾਨਕ ਬਿਰਲੇ ਮਿਲਹਿ ਉਦਾਸਾ ॥੮॥੭॥

ਗਉੜੀ ਮਹਲਾ ੧ ॥ ਐਸੋ ਦਾਸੁ ਮਿਲੈ ਸੁਖੁ ਹੋਈ ॥ ਦੁਖੁ ਵਿਸਰੈ ਪਾਵੈ ਸਚੁ ਸੋਈ ॥੧॥ ਦਰਸਨੁ ਦੇਖਿ ਭਈ ਮਤਿ ਪੂਰੀ ॥ ਅਠਸਠਿ ਮਜਨੁ ਚਰਨਹ ਧੂਰੀ ॥੧॥ ਰਹਾਉ ॥ ਨੇਤ੍ਰ ਸੰਤੋਖੇ ਏਕ ਲਿਵ ਤਾਰਾ ॥ ਜਿਹਵਾ ਸੂਚੀ ਹਰਿ ਰਸ ਸਾਰਾ ॥੨॥ ਸਚੁ ਕਰਣੀ ਅਭ ਅੰਤਰਿ ਸੇਵਾ ॥ ਮਨੁ ਤ੍ਰਿਪਤਾਸਿਆ ਅਲਖ ਅਭੇਵਾ ॥੩॥ ਜਹ ਜਹ ਦੇਖਉ ਤਹ ਤਹ ਸਾਚਾ ॥ ਬਿਨ ਬੂਝੇ ਝਗਰਤ ਜਗੁ ਕਾਚਾ ॥੪॥ ਗੁਰੁ ਸਮਝਾਵੈ ਸੋਝੀ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥੫॥ ਕਰਿ ਕਿਰਪਾ ਰਾਖਹੁ ਰਖਵਾਲੇ ॥ ਬਿਨ ਬੂਝੇ ਪਸੂ ਭਏ ਬੇਤਾਲੇ ॥੬॥ ਗੁਰਿ ਕਹਿਆ ਅਵਰੁ ਨਹੀ ਦੂਜਾ ॥ ਕਿਸੁ ਕਹੁ ਦੇਖਿ ਕਰਉ ਅਨ ਪੂਜਾ ॥੭॥ ਸੰਤ ਹੇਤਿ ਪ੍ਰਭਿ ਤ੍ਰਿਭਵਣ ਧਾਰੇ ॥ ਆਤਮੁ ਚੀਨੈ ਸੁ ਤਤੁ ਬੀਚਾਰੇ ॥੮॥ ਸਾਚੁ ਰਿਦੈ ਸਚੁ ਪ੍ਰੇਮ ਨਿਵਾਸ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸ ॥੯॥੮॥ ਗਉੜੀ ਮਹਲਾ ੧ ॥ ਬ੍ਰਹਮੈ ਗਰਬੁ ਕੀਆ ਨਹੀ ਜਾਨਿਆ ॥ ਬੇਦ ਕੀ ਬਿਪਤਿ ਪੜੀ ਪਛੁਤਾਨਿਆ ॥ ਜਹ ਪ੍ਰਭ ਸਿਮਰੇ ਤਹੀ ਮਨੁ ਮਾਨਿਆ ॥੧॥ ਐਸਾ ਗਰਬੁ ਬੁਰਾ ਸੰਸਾਰੈ ॥ ਜਿਸੁ ਗੁਰੁ ਮਿਲੈ ਤਿਸੁ ਗਰਬੁ ਨਿਵਾਰੈ ॥੧॥ ਰਹਾਉ ॥ ਬਲਿ ਰਾਜਾ ਮਾਇਆ ਅਹੰਕਾਰੀ ॥ ਜਗਨ ਕਰੈ ਬਹੁ ਭਾਰ ਅਫਾਰੀ ॥ ਬਿਨੁ ਗੁਰ ਪੂਛੇ ਜਾਇ ਪਇਆਰੀ ॥੨॥ ਹਰੀਚੰਦੁ ਦਾਨੁ ਕਰੈ ਜਸੁ ਲੇਵੈ ॥ ਬਿਨੁ ਗੁਰ ਅੰਤੁ ਨ ਪਾਇ ਅਭੇਵੈ ॥ ਆਪਿ ਭੁਲਾਇ ਆਪੇ ਮਤਿ ਦੇਵੈ ॥੩॥ ਦੁਰਮਤਿ ਹਰਣਾਖਸੁ ਦੁਰਾਚਾਰੀ ॥ ਪ੍ਰਭੁ ਨਾਰਾਇਣੁ ਗਰਬ ਪ੍ਰਹਾਰੀ ॥ ਪ੍ਰਹਲਾਦ ਉਧਾਰੇ ਕਿਰਪਾ ਧਾਰੀ ॥੪॥ ਭੂਲੋ ਰਾਵਣੁ ਮੁਗਧੁ ਅਚੇਤਿ ॥ ਲੂਟੀ ਲੰਕਾ ਸੀਸ ਸਮੇਤਿ ॥ ਗਰਬਿ ਗਇਆ ਬਿਨੁ ਸਤਿਗੁਰ ਹੇਤਿ ॥੫॥ ਸਹਸਬਾਹੁ ਮਧੁ ਕੀਟ ਮਹਿਖਾਸਾ ॥ ਹਰਣਾਖਸੁ ਲੇ ਨਖਹੁ ਬਿਧਾਸਾ ॥ ਦੈਤ ਸੰਘਾਰੇ ਬਿਨੁ ਭਗਤਿ ਅਭਿਆਸਾ ॥੬॥ ਜਰਾਸੰਧਿ ਕਾਲਜਮੁਨ ਸੰਘਾਰੇ ॥ ਰਕਤਬੀਜੁ ਕਾਲੁਨੇਮੁ ਬਿਦਾਰੇ ॥ ਦੈਤ ਸੰਘਾਰਿ ਸੰਤ ਨਿਸਤਾਰੇ ॥੭॥ ਆਪੇ ਸਤਿਗੁਰੁ ਸਬਦੁ ਬੀਚਾਰੇ ॥ ਦੂਜੈ ਭਾਇ ਦੈਤ ਸੰਘਾਰੇ ॥ ਗੁਰਮੁਖਿ ਸਾਚਿ ਭਗਤਿ ਨਿਸਤਾਰੇ ॥੮॥ ਬੂਡਾ ਦੁਰਜੋਧਨੁ ਪਤਿ ਖੋਈ ॥ ਰਾਮੁ ਨ ਜਾਨਿਆ ਕਰਤਾ ਸੋਈ ॥ ਜਨ ਕਉ ਦੂਖਿ ਪਚੈ ਦੁਖੁ ਹੋਈ ॥੯॥ ਜਨਮੇਜੈ ਗੁਰ ਸਬਦੁ ਨ ਜਾਨਿਆ ॥ ਕਿਉ ਸੁਖੁ ਪਾਵੈ ਭਰਮਿ ਭੁਲਾਨਿਆ ॥ ਇਕੁ ਤਿਲੁ ਭੂਲੈ ਬਹੁਰਿ ਪਛੁਤਾਨਿਆ ॥੧੦॥ ਕੰਸੁ ਕੇਸੁ ਚਾਂਡੂਰੁ ਨ ਕੋਈ ॥ ਰਾਮੁ ਨ ਚੀਨਿਆ ਅਪਨੀ ਪਤਿ ਖੋਈ ॥ ਬਿਨੁ ਜਗਦੀਸ ਨ ਰਾਖੈ ਕੋਈ

॥੧੧॥ ਬਿਨੁ ਗੁਰ ਗਰਬੁ ਨ ਮੇਟਿਆ ਜਾਇ ॥ ਗੁਰਮਤਿ ਧਰਮੁ ਧੀਰਜੁ ਹਰਿ ਨਾਇ ॥ ਨਾਨਕ ਨਾਮੁ ਮਿਲੈ ਗੁਣ ਗਾਇ ॥੧੨॥੯॥ ਗਉੜੀ ਮਹਲਾ ੧ ॥ ਚੋਆ ਚੰਦਨੁ ਅੰਕਿ ਚੜਾਵਉ ॥ ਪਾਟ ਪਟੰਬਰ ਪਹਿਰਿ ਹਢਾਵਉ ॥ ਬਿਨੁ ਹਰਿ ਨਾਮ ਕਹਾ ਸੁਖੁ ਪਾਵਉ ॥੧॥ ਕਿਆ ਪਹਿਰਉ ਕਿਆ ਓਢਿ ਦਿਖਾਵਉ ॥ ਬਿਨੁ ਜਗਦੀਸ ਕਹਾ ਸੁਖੁ ਪਾਵਉ ॥੧॥ ਰਹਾਉ ॥ ਕਾਨੀ ਕੁੰਡਲ ਗਲਿ ਮੋਤੀਅਨ ਕੀ ਮਾਲਾ ॥ ਲਾਲ ਨਿਹਾਲੀ ਫੂਲ ਗੁਲਾਲਾ ॥ ਬਿਨੁ ਜਗਦੀਸ ਕਹਾ ਸੁਖੁ ਭਾਲਾ ॥੨॥ ਨੈਨ ਸਲੋਨੀ ਸੁੰਦਰ ਨਾਰੀ ॥ ਖੋੜ ਸੀਗਾਰ ਕਰੈ ਅਤਿ ਪਿਆਰੀ ॥ ਬਿਨੁ ਜਗਦੀਸ ਭਜੇ ਨਿਤ ਖੁਆਰੀ ॥੩॥ ਦਰ ਘਰ ਮਹਲਾ ਸੇਜ ਸੁਖਾਲੀ ॥ ਅਹਿਨਿਸਿ ਫੂਲ ਬਿਛਾਵੈ ਮਾਲੀ ॥ ਬਿਨੁ ਹਰਿ ਨਾਮ ਸੁ ਦੇਹ ਦੁਖਾਲੀ ॥੪॥ ਹੈਵਰ ਗੈਵਰ ਨੇਜੇ ਵਾਜੇ ॥ ਲਸਕਰ ਨੇਬ ਖਵਾਸੀ ਪਾਜੇ ॥ ਬਿਨੁ ਜਗਦੀਸ ਝੂਠੇ ਦਿਵਾਜੇ ॥੫॥ ਸਿਧੁ ਕਹਾਵਉ ਰਿਧਿ ਸਿਧਿ ਬੁਲਾਵਉ ॥ ਤਾਜ ਕੁਲਹ ਸਿਰਿ ਛਤ੍ਰੁ ਬਨਾਵਉ ॥ ਬਿਨੁ ਜਗਦੀਸ ਕਹਾ ਸਚੁ ਪਾਵਉ ॥੬॥ ਖਾਨੁ ਮਲੂਕੁ ਕਹਾਵਉ ਰਾਜਾ ॥ ਅਬੇ ਤਬੇ ਕੂੜੇ ਹੈ ਪਾਜਾ ॥ ਬਿਨੁ ਗੁਰ ਸਬਦ ਨ ਸਵਰਸਿ ਕਾਜਾ ॥੭॥ ਹਉਮੈ ਮਮਤਾ ਗੁਰ ਸਬਦਿ ਵਿਸਾਰੀ ॥ ਗੁਰਮਤਿ ਜਾਨਿਆ ਰਿਦੈ ਮੁਰਾਰੀ ॥ ਪ੍ਰਣਵਤਿ ਨਾਨਕ ਸਰਣਿ ਤੁਮਾਰੀ ॥੮॥੧੦॥

ਗਉੜੀ ਮਹਲਾ ੧ ॥ ਸੇਵਾ ਏਕ ਨ ਜਾਨਸਿ ਅਵਰੇ ॥ ਪਰਪੰਚ ਬਿਆਧਿ ਤਿਆਗੈ ਕਵਰੇ ॥ ਭਾਇ ਮਿਲੈ ਸਚੁ ਸਾਚੈ ਸਚੁ ਰੇ ॥੧॥ ਐਸਾ ਰਾਮ ਭਗਤੁ ਜਨੁ ਹੋਈ ॥ ਹਰਿ ਗੁਣ ਗਾਇ ਮਿਲੈ ਮਲੁ ਧੋਈ ॥੧॥ ਰਹਾਉ ॥ ਊਂਧੋ ਕਵਲੁ ਸਗਲ ਸੰਸਾਰੈ ॥ ਦੁਰਮਤਿ ਅਗਨਿ ਜਗਤ ਪਰਜਾਰੈ ॥ ਸੋ ਉਬਰੈ ਗੁਰ ਸਬਦੁ ਬੀਚਾਰੈ ॥੨॥ ਭ੍ਰਿੰਗ ਪਤੰਗੁ ਕੁੰਚਰੁ ਅਰੁ ਮੀਨਾ ॥ ਮਿਰਗੁ ਮਰੈ ਸਹਿ ਅਪੁਨਾ ਕੀਨਾ ॥ ਤ੍ਰਿਸਨਾ ਰਾਚਿ ਤਤੁ ਨਹੀ ਬੀਨਾ ॥੩॥ ਕਾਮੁ ਚਿਤੈ ਕਾਮਣਿ ਹਿਤਕਾਰੀ ॥ ਕ੍ਰੋਧੁ ਬਿਨਾਸੈ ਸਗਲ ਵਿਕਾਰੀ ॥ ਪਤਿ ਮਤਿ ਖੋਵਹਿ ਨਾਮੁ ਵਿਸਾਰੀ ॥੪॥ ਪਰ ਘਰਿ ਚੀਤੁ ਮਨਮੁਖਿ ਡੋਲਾਇ ॥ ਗਲਿ ਜੇਵਰੀ ਧੰਧੈ ਲਪਟਾਇ ॥ ਗੁਰਮੁਖਿ ਛੂਟਸਿ ਹਰਿ ਗੁਣ ਗਾਇ ॥੫॥ ਜਿਉ ਤਨੁ ਬਿਧਵਾ ਪਰ ਕਉ ਦੇਈ ॥ ਕਾਮਿ ਦਾਮਿ ਚਿਤੁ ਪਰ ਵਸਿ ਸੇਈ ॥ ਬਿਨੁ ਪਿਰ ਤ੍ਰਿਪਤਿ ਨ ਕਬਹੂੰ ਹੋਈ ॥੬॥ ਪੜਿ ਪੜਿ ਪੋਥੀ ਸਿੰਮ੍ਰਿਤਿ ਪਾਠਾ ॥ ਬੇਦ ਪੁਰਾਣ ਪੜੈ ਸੁਣਿ ਥਾਟਾ ॥ ਬਿਨੁ ਰਸ ਰਾਤੇ ਮਨੁ ਬਹੁ ਨਾਟਾ ॥੭॥ ਜਿਉ ਚਾਤ੍ਰਿਕ ਜਲ

ਪ੍ਰੇਮ ਪਿਆਸਾ ॥ ਜਿਉ ਮੀਨਾ ਜਲ ਮਾਹਿ ਉਲਾਸਾ ॥ ਨਾਨਕ ਹਰਿ ਰਸੁ ਪੀ ਤ੍ਰਿਪਤਾਸਾ ॥੮॥੧੧॥ ਗਉੜੀ ਮਹਲਾ ੧ ॥ ਹਠੁ ਕਰਿ ਮਰੈ ਨ ਲੇਖੈ ਪਾਵੈ ॥ ਵੇਸ ਕਰੈ ਬਹੁ ਭਸਮ ਲਗਾਵੈ ॥ ਨਾਮੁ ਬਿਸਾਰਿ ਬਹੁਰਿ ਪਛੁਤਾਵੈ ॥੧॥ ਤੂੰ ਮਨਿ ਹਰਿ ਜੀਉ ਤੂੰ ਮਨਿ ਸੂਖ ॥ ਨਾਮੁ ਬਿਸਾਰਿ ਸਹਹਿ ਜਮ ਦੂਖ ॥੧॥ ਰਹਾਉ ॥ ਚੋਆ ਚੰਦਨ ਅਗਰ ਕਪੂਰਿ ॥ ਮਾਇਆ ਮਗਨੁ ਪਰਮ ਪਦੁ ਦੂਰਿ ॥ ਨਾਮਿ ਬਿਸਾਰਿਐ ਸਭੁ ਕੂੜੋ ਕੂਰਿ ॥੨॥ ਨੇਜੇ ਵਾਜੇ ਤਖਤਿ ਸਲਾਮੁ ॥ ਅਧਕੀ ਤ੍ਰਿਸਨਾ ਵਿਆਪੈ ਕਾਮੁ ॥ ਬਿਨੁ ਹਰਿ ਜਾਚੇ ਭਗਤਿ ਨ ਨਾਮੁ ॥੩॥ ਵਾਦਿ ਅਹੰਕਾਰਿ ਨਾਹੀ ਪ੍ਰਭ ਮੇਲਾ ॥ ਮਨੁ ਦੇ ਪਾਵਹਿ ਨਾਮੁ ਸੁਹੇਲਾ ॥ ਦੂਜੈ ਭਾਇ ਅਗਿਆਨੁ ਦੁਹੇਲਾ ॥੪॥ ਬਿਨੁ ਦਮ ਕੇ ਸਉਦਾ ਨਹੀ ਹਾਟ ॥ ਬਿਨੁ ਬੋਹਿਥ ਸਾਗਰ ਨਹੀ ਵਾਟ ॥ ਬਿਨੁ ਗੁਰ ਸੇਵੇ ਘਾਟੇ ਘਾਟਿ ॥੫॥ ਤਿਸ ਕਉ ਵਾਹੁ ਵਾਹੁ ਜਿ ਵਾਟ ਦਿਖਾਵੈ ॥ ਤਿਸ ਕਉ ਵਾਹੁ ਵਾਹੁ ਜਿ ਸਬਦੁ ਸੁਣਾਵੈ ॥ ਤਿਸ ਕਉ ਵਾਹੁ ਵਾਹੁ ਜਿ ਮੇਲਿ ਮਿਲਾਵੈ ॥੬॥ ਵਾਹੁ ਵਾਹੁ ਤਿਸ ਕਉ ਜਿਸ ਕਾ ਇਹੁ ਜੀਉ ॥ ਗੁਰ ਸਬਦੀ ਮਥਿ ਅੰਮ੍ਰਿਤੁ ਪੀਉ ॥ ਨਾਮ ਵਡਾਈ ਤੁਧੁ ਭਾਣੈ ਦੀਉ ॥੭॥ ਨਾਮ ਬਿਨਾ ਕਿਉ ਜੀਵਾ ਮਾਇ ॥ ਅਨਦਿਨੁ ਜਪਤੁ ਰਹਉ ਤੇਰੀ ਸਰਣਾਇ ॥ ਨਾਨਕ ਨਾਮਿ ਰਤੇ ਪਤਿ ਪਾਇ ॥੮॥ ੧੨॥

ਗਉੜੀ ਮਹਲਾ ੧ ॥ ਹਉਮੈ ਕਰਤ ਭੇਖੀ ਨਹੀ ਜਾਨਿਆ ॥ ਗੁਰਮੁਖਿ ਭਗਤਿ ਵਿਰਲੇ ਮਨੁ ਮਾਨਿਆ ॥੧॥ ਹਉ ਹਉ ਕਰਤ ਨਹੀ ਸਚੁ ਪਾਈਐ ॥ ਹਉਮੈ ਜਾਇ ਪਰਮ ਪਦੁ ਪਾਈਐ ॥੧॥ ਰਹਾਉ ॥ ਹਉਮੈ ਕਰਿ ਰਾਜੇ ਬਹੁ ਧਾਵਹਿ ॥ ਹਉਮੈ ਖਪਹਿ ਜਨਮਿ ਮਰਿ ਆਵਹਿ ॥੨॥ ਹਉਮੈ ਨਿਵਰੈ ਗੁਰ ਸਬਦੁ ਵੀਚਾਰੈ ॥ ਚੰਚਲ ਮਤਿ ਤਿਆਗੈ ਪੰਚ ਸੰਘਾਰੈ ॥੩॥ ਅੰਤਰਿ ਸਾਚੁ ਸਹਜ ਘਰਿ ਆਵਹਿ ॥ ਰਾਜਨੁ ਜਾਣਿ ਪਰਮ ਗਤਿ ਪਾਵਹਿ ॥੪॥ ਸਚੁ ਕਰਣੀ ਗੁਰੁ ਭਰਮੁ ਚੁਕਾਵੈ ॥ ਨਿਰਭਉ ਕੈ ਘਰਿ ਤਾੜੀ ਲਾਵੈ ॥੫॥ ਹਉ ਹਉ ਕਰਿ ਮਰਣਾ ਕਿਆ ਪਾਵੈ ॥ ਪੂਰਾ ਗੁਰੁ ਭੇਟੇ ਸੋ ਝਗਰੁ ਚੁਕਾਵੈ ॥੬॥ ਜੇਤੀ ਹੈ ਤੇਤੀ ਕਿਹੁ ਨਾਹੀ ॥ ਗੁਰਮੁਖਿ ਗਿਆਨ ਭੇਟਿ ਗੁਣ ਗਾਹੀ ॥੭॥ ਹਉਮੈ ਬੰਧਨ ਬੰਧਿ ਭਵਾਵੈ ॥ ਨਾਨਕ ਰਾਮ ਭਗਤਿ ਸੁਖੁ ਪਾਵੈ ॥੮॥੧੩॥ ਗਉੜੀ ਮਹਲਾ ੧ ॥ ਪ੍ਰਥਮੇ ਬ੍ਰਹਮਾ ਕਾਲੈ ਘਰਿ ਆਇਆ ॥ ਬ੍ਰਹਮ ਕਮਲੁ ਪਇਆਲਿ ਨ ਪਾਇਆ ॥ ਆਗਿਆ ਨਹੀ ਲੀਨੀ ਭਰਮਿ ਭੁਲਾਇਆ ॥੧॥ ਜੋ

ਉਪਜੈ ਸੋ ਕਾਲਿ ਸੰਘਾਰਿਆ ॥ ਹਮ ਹਰਿ ਰਾਖੇ ਗੁਰ ਸਬਦੁ ਬੀਚਾਰਿਆ ॥੧॥ ਰਹਾਉ ॥ ਮਾਇਆ ਮੋਹੇ ਦੇਵੀ ਸਭਿ ਦੇਵਾ ॥ ਕਾਲੁ ਨ ਛੋਡੈ ਬਿਨੁ ਗੁਰ ਕੀ ਸੇਵਾ ॥ ਓਹੁ ਅਬਿਨਾਸੀ ਅਲਖ ਅਭੇਵਾ ॥੨॥ ਸੁਲਤਾਨ ਖਾਨ ਬਾਦਿਸਾਹ ਨਹੀ ਰਹਨਾ ॥ ਨਾਮਹੁ ਭੂਲੈ ਜਮ ਕਾ ਦੁਖੁ ਸਹਨਾ ॥ ਮੈ ਧਰ ਨਾਮੁ ਜਿਉ ਰਾਖਹੁ ਰਹਨਾ ॥੩॥ ਚਉਧਰੀ ਰਾਜੇ ਨਹੀ ਕਿਸੈ ਮੁਕਾਮੁ ॥ ਸਾਹ ਮਰਹਿ ਸੰਚਹਿ ਮਾਇਆ ਦਾਮ ॥ ਮੈ ਧਨੁ ਦੀਜੈ ਹਰਿ ਅੰਮ੍ਰਿਤ ਨਾਮੁ ॥੪॥ ਰਯਤਿ ਮਹਰ ਮੁਕਦਮ ਸਿਕਦਾਰੈ ॥ ਨਿਹਚਲੁ ਕੋਇ ਨ ਦਿਸੈ ਸੰਸਾਰੈ ॥ ਅਫਰਿਉ ਕਾਲੁ ਕੂੜੁ ਸਿਰਿ ਮਾਰੈ ॥੫॥ ਨਿਹਚਲੁ ਏਕੁ ਸਚਾ ਸਚ ਸੋਈ ॥ ਜਿਨਿ ਕਰਿ ਸਾਜੀ ਤਿਨਹਿ ਸਭ ਗੋਈ ॥ ਓਹੁ ਗੁਰਮੁਖਿ ਜਾਪੈ ਤਾਂ ਪਤਿ ਹੋਈ ॥੩॥ ਕਾਜੀ ਸੇਖ ਭੇਖ ਫਕੀਰਾ ॥ ਵਡੇ ਕਹਾਵਹਿ ਹਉਮੈ ਤਨਿ ਪੀਰਾ ॥ ਕਾਲੁ ਨ ਛੋਡੈ ਬਿਨੁ ਸਤਿਗੁਰ ਕੀ ਧੀਰਾ ॥੧॥ ਕਾਲੁ ਜਾਲੁ ਜਿਹਵਾ ਅਰੁ ਨੈਣੀ ॥ ਕਾਨੀ ਕਾਲੁ ਸੁਣੈ ਬਿਖੁ ਬੈਣੀ ॥ ਬਿਨੁ ਸਬਦੈ ਮੂਠੇ ਦਿਨੁ ਰੈਣੀ ॥੮॥ ਹਿਰਦੈ ਸਾਚੁ ਵਸੈ ਹਰਿ ਨਾਇ ॥ ਕਾਲੁ ਨ ਜੋਹਿ ਸਕੈ ਗੁਣ ਗਾਇ ॥ ਨਾਨਕ ਗੁਰਮੁਖਿ ਸਬਦਿ ਸਮਾਇ ॥੯ ॥੧੪॥

ਗਉੜੀ ਮਹਲਾ ੧ ॥ ਬੋਲਹਿ ਸਾਚੁ ਮਿਥਿਆ ਨਹੀ ਰਾਈ ॥ ਚਾਲਹਿ ਗੁਰਮੁਖਿ ਹੁਕਮਿ ਰਜਾਈ ॥ ਰਹਹਿ ਅਤੀਤ ਸਚੇ ਸਰਣਾਈ ॥੧॥ ਸਚ ਘਰਿ ਬੈਸੈ ਕਾਲੁ ਨ ਜੋਹੈ ॥ ਮਨਮੁਖ ਕਉ ਆਵਤ ਜਾਵਤ ਦੁਖੁ ਮੋਹੈ ॥੧॥ ਰਹਾਉ ॥ ਅਪਿਉ ਪੀਅਉ ਅਕਥੁ ਕਥਿ ਰਹੀਐ ॥ ਨਿਜ ਘਰਿ ਬੈਸਿ ਸਹਜ ਘਰੁ ਲਹੀਐ ॥ ਹਰਿ ਰਸਿ ਮਾਤੇ ਇਹੁ ਸੁਖੁ ਕਹੀਐ ॥੨॥ ਗੁਰਮਤਿ ਚਾਲ ਨਿਹਚਲ ਨਹੀ ਡੋਲੈ ॥ ਗੁਰਮਤਿ ਸਾਚਿ ਸਹਜਿ ਹਰਿ ਬੋਲੈ ॥ ਪੀਵੈ ਅੰਮ੍ਰਿਤੁ ਤਤੁ ਵਿਰੋਲੈ ॥੩॥ ਸਤਿਗੁਰੁ ਦੇਖਿਆ ਦੀਖਿਆ ਲੀਨੀ ॥ ਮਨੁ ਤਨੁ ਅਰਪਿਓ ਅੰਤਰ ਗਤਿ ਕੀਨੀ ॥ ਗਤਿ ਮਿਤਿ ਪਾਈ ਆਤਮੁ ਚੀਨੀ ॥੪॥ ਭੋਜਨੁ ਨਾਮੁ ਨਿਰੰਜਨ ਸਾਰੁ ॥ ਪਰਮ ਹੰਸੁ ਸਚੁ ਜੋਤਿ ਅਪਾਰ ॥ ਜਹ ਦੇਖਉ ਤਹ ਏਕੰਕਾਰੁ ॥੫॥ ਰਹੈ ਨਿਰਾਲਮੁ ਏਕਾ ਸਚੁ ਕਰਣੀ ॥ ਪਰਮ ਪਦੁ ਪਾਇਆ ਸੇਵਾ ਗੁਰ ਚਰਣੀ ॥ ਮਨ ਤੇ ਮਨੁ ਮਾਨਿਆ ਚੂਕੀ ਅਹੰ ਭ੍ਰਮਣੀ ॥੬॥ ਇਨ ਬਿਧਿ ਕਉਣੁ ਕਉਣੁ ਨਹੀ ਤਾਰਿਆ ॥ ਹਰਿ ਜਸਿ ਸੰਤ ਭਗਤ ਨਿਸਤਾਰਿਆ ॥ ਪ੍ਰਭ ਪਾਏ ਹਮ ਅਵਰੁ ਨ ਭਾਰਿਆ ॥੭॥ ਸਾਚ ਮਹਲਿ ਗੁਰਿ ਅਲਖੁ ਲਖਾਇਆ ॥ ਨਿਹਚਲ ਮਹਲੁ ਨਹੀ ਛਾਇਆ ਮਾਇਆ ॥

ਸਾਚਿ ਸੰਤੋਖੇ ਭਰਮੁ ਚੁਕਾਇਆ ॥੮॥ ਜਿਨ ਕੈ ਮਨਿ ਵਸਿਆ ਸਚੁ ਸੋਈ ॥ ਤਿਨ ਕੀ ਸੰਗਤਿ ਗੁਰਮੁਖਿ ਹੋਈ ॥ ਨਾਨਕ ਸਾਚਿ ਨਾਮਿ ਮਲੁ ਖੋਈ ॥੯॥੧੫॥ ਗਉੜੀ ਮਹਲਾ ੧ ॥ ਰਾਮਿ ਨਾਮਿ ਚਿਤੁ ਰਾਪੈ ਜਾ ਕਾ ॥ ਉਪਜੰਪਿ ਦਰਸਨੁ ਕੀਜੈ ਤਾ ਕਾ ॥੧॥ ਰਾਮ ਨ ਜਪਹੁ ਅਭਾਗੁ ਤੁਮਾਰਾ ॥ ਜੁਗਿ ਜੁਗਿ ਦਾਤਾ ਪ੍ਰਭੁ ਰਾਮੁ ਹਮਾਰਾ ॥੧॥ ਰਹਾਉ ॥ ਗੁਰਮਤਿ ਰਾਮੁ ਜਪੈ ਜਨੁ ਪੂਰਾ ॥ ਤਿਤੁ ਘਟ ਅਨਹਤ ਬਾਜੇ ਤੂਰਾ ॥੨॥ ਜੋ ਜਨ ਰਾਮ ਭਗਤਿ ਹਰਿ ਪਿਆਰਿ ॥ ਸੇ ਪ੍ਰਭਿ ਰਾਖੇ ਕਿਰਪਾ ਧਾਰਿ ॥੩॥ ਜਿਨ ਕੈ ਹਿਰਦੈ ਹਰਿ ਹਰਿ ਸੋਈ ॥ ਤਿਨ ਕਾ ਦਰਸੁ ਪਰਸਿ ਸੁਖੁ ਹੋਈ ॥੪॥ ਸਰਬ ਜੀਆ ਮਹਿ ਏਕੋ ਰਵੈ ॥ ਮਨਮੁਖਿ ਅਹੰਕਾਰੀ ਫਿਰਿ ਜੂਨੀ ਭਵੈ ॥੫॥ ਸੋ ਬੂਝੈ ਜੋ ਸਤਿਗੁਰੁ ਪਾਏ ॥ ਹਉਮੈ ਮਾਰੇ ਗੁਰ ਸਬਦੇ ਪਾਏ ॥੬॥ ਅਰਧ ਉਰਧ ਕੀ ਸੰਧਿ ਕਿਉ ਜਾਨੈ ॥ ਗੁਰਮੁਖਿ ਸੰਧਿ ਮਿਲੈ ਮਨੁ ਮਾਨੈ ॥੭॥ ਹਮ ਪਾਪੀ ਨਿਰਗੁਣ ਕਉ ਗੁਣੁ ਕਰੀਐ ॥ ਪ੍ਰਭ ਹੋਇ ਦਇਆਲੁ ਨਾਨਕ ਜਨ ਤਰੀਐ ॥੮॥੧੬॥ ਸੋਲਹ ਅਸਟਪਦੀਆ ਗੁਆਰੇਰੀ ਗਉੜੀ ਕੀਆ ॥

ਗਉੜੀ ਬੈਰਾਗਣਿ ਮਹਲਾ ੧

ਅੰਗ 228 ਤੋਂ ਗਉੜੀ ਬੈਰਾਗਣਿ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 229 ਤੱਕ ਹੈ

ਗਉੜੀ ਬੈਰਾਗਣਿ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਜਿਉ ਗਾਈ ਕਉ ਗੋਇਲੀ ਰਾਖਹਿ ਕਰਿ ਸਾਰਾ ॥ ਅਹਿਨਿਸਿ ਪਾਲਹਿ ਰਾਖਿ ਲੇਹਿ ਆਤਮ ਸੁਖੁ ਧਾਰਾ ॥੧॥ ਇਤ ਉਤ ਰਾਖਹੁ ਦੀਨ ਦਇਆਲਾ ॥ ਤਉ ਸਰਣਾਗਤਿ ਨਦਰਿ ਨਿਹਾਲਾ ॥੧॥ ਰਹਾਉ ॥ ਜਹ ਦੇਖਉ ਤਹ ਰਵਿ ਰਹੇ ਰਖੁ ਰਾਖਨਹਾਰਾ ॥ ਤੂੰ ਦਾਤਾ

ਭੁਗਤਾ ਤੂੰਹੈ ਤੂੰ ਪ੍ਰਾਣ ਅਧਾਰਾ ॥੨॥ ਕਿਰਤੁ ਪਇਆ ਅਧ ਊਰਧੀ ਬਿਨੁ ਗਿਆਨ ਬੀਚਾਰਾ ॥ ਬਿਨੁ ਉਪਮਾ ਜਗਦੀਸ ਕੀ ਬਿਨਸੈ ਨ ਅੰਧਿਆਰਾ ॥੩॥ ਜਗੁ ਬਿਨਸਤ ਹਮ ਦੇਖਿਆ ਲੋਭੇ ਅਹੰਕਾਰਾ ॥ ਗੁਰ ਸੇਵਾ ਪ੍ਰਭੁ ਪਾਇਆ ਸਚੁ ਮੁਕਤਿ ਦੁਆਰਾ ॥੪॥ ਨਿਜ ਘਰਿ ਮਹਲੁ ਅਪਾਰ ਕੋ ਅਪਰੰਪਰੁ ਸੋਈ ॥ ਬਿਨੁ ਸਬਦੈ ਥਿਰੁ ਕੋ ਨਹੀ ਬੂਝੈ ਸੁਖੁ ਹੋਈ ॥੫॥ ਕਿਆ ਲੈ ਆਇਆ ਲੇ ਜਾਇ ਕਿਆ ਫਾਸਹਿ ਜਮ ਜਾਲਾ ॥ ਡੋਲੁ ਬਧਾ ਕਸਿ ਜੇਵਰੀ ਆਕਾਸਿ ਪਤਾਲਾ ॥੬॥ ਗੁਰਮਤਿ ਨਾਮੁ ਨ ਵੀਸਰੈ ਸਹਜੇ ਪਤਿ ਪਾਈਐ ॥ ਅੰਤਰਿ ਸਬਦੁ ਨਿਧਾਨੁ ਹੈ ਮਿਲਿ ਆਪੁ ਗਵਾਈਐ ॥੭॥ ਨਦਰਿ ਕਰੇ ਪ੍ਰਭੁ ਆਪਣੀ ਗੁਣ ਅੰਕਿ ਸਮਾਵੈ ॥ ਨਾਨਕ ਮੇਲੁ ਨ ਚੂਕਈ ਲਾਹਾ ਸਚੁ ਪਾਵੈ ॥੮॥੧॥੧੭॥ ਗਉੜੀ ਮਹਲਾ ੧ ॥ ਗੁਰ ਪਰਸਾਦੀ ਬੂਝਿ ਲੇ ਤਉ ਹੋਇ ਨਿਬੇਰਾ ॥ ਘਰਿ ਘਰਿ ਨਾਮੁ ਨਿਰੰਜਨਾ ਸੋ ਠਾਕੁਰੁ ਮੇਰਾ ॥੧॥ ਬਿਨੁ ਗੁਰ ਸਬਦ ਨ ਛੂਟੀਐ ਦੇਖਹੁ ਵੀਚਾਰਾ ॥ ਜੇ ਲਖ ਕਰਮ ਕਮਾਵਹੀ ਬਿਨ ਗੁਰ ਅੰਧਿਆਰਾ ॥੧॥ ਰਹਾਉ ॥ ਅੰਧੇ ਅਕਲੀ ਬਾਹਰੇ ਕਿਆ ਤਿਨ ਸਿਉ ਕਹੀਐ ॥ ਬਿਨੁ ਗੁਰ ਪੰਥੁ ਨ ਸੂਝਈ ਕਿਤੁ ਬਿਧਿ ਨਿਰਬਹੀਐ ॥੨॥ ਖੋਟੇ ਕਉ ਖਰਾ ਕਹੈ ਖਰੇ ਸਾਰ ਨ ਜਾਣੈ ॥ ਅੰਧੇ ਕਾ ਨਾਉ ਪਾਰਖੂ ਕਲੀ ਕਾਲ ਵਿਡਾਣੈ ॥੩॥ ਸੂਤੇ ਕਉ ਜਾਗਤੁ ਕਹੈ ਜਾਗਤ ਕਉ ਸੂਤਾ ॥ ਜੀਵਤ ਕਉ ਮੂਆ ਕਹੈ ਮੂਏ ਨਹੀ ਰੋਤਾ ॥੪॥ ਆਵਤ ਕਉ ਜਾਤਾ ਕਹੈ ਜਾਤੇ ਕਉ ਆਇਆ ॥ ਪਰ ਕੀ ਕਉ ਅਪੁਨੀ ਕਹੈ ਅਪੁਨੋ ਨਹੀ ਭਾਇਆ ॥੫॥ ਮੀਠੇ ਕਉ ਕਉੜਾ ਕਹੈ ਕੜੂਏ ਕਉ ਮੀਠਾ ॥ ਰਾਤੇ ਕੀ ਨਿੰਦਾ ਕਰਹਿ ਐਸਾ ਕਲਿ ਮਹਿ ਡੀਠਾ ॥੬॥ ਚੇਰੀ ਕੀ ਸੇਵਾ ਕਰਹਿ ਠਾਕੁਰੁ ਨਹੀ ਦੀਸੈ ॥ ਪੋਖਰੁ ਨੀਰੁ ਵਿਰੋਲੀਐ ਮਾਖਨੁ ਨਹੀ ਰੀਸੈ ॥੭॥ ਇਸੁ ਪਦ ਜੋ ਅਰਥਾਇ ਲੇਇ ਸੋ ਗੁਰੂ ਹਮਾਰਾ ॥ ਨਾਨਕ ਚੀਨੈ ਆਪ ਕਉ ਸੋ ਅਪਰ ਅਪਾਰਾ ॥੮॥ ਸਭੁ ਆਪੇ ਆਪਿ ਵਰਤਦਾ ਆਪੇ ਭਰਮਾਇਆ ॥ ਗੁਰ ਕਿਰਪਾ ਤੇ ਬੂਝੀਐ ਸਭੁ ਬ੍ਰਹਮੁ ਸਮਾਇਆ ॥੯॥੨॥੧੮॥

ਅੰਗ 229 ਤੋਂ ਰਾਗੁ ਗਉੜੀ ਗੁਆਰੇਰੀ ਮਹਲਾ ੩ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 234 ਤੱਕ ਹੈ।

ਅੰਗ 234 ਤੋਂ ਰਾਗੁ ਗਉੜੀ ਪੂਰਬੀ ਮਹਲਾ ੪ ਕਰਹਲੇ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 235 ਤੱਕ ਹੈ।

ਅੰਗ 235 ਤੋਂ ਰਾਗੁ ਗਉੜੀ ਗੁਆਰੇਰੀ ਮਹਲਾ ੫ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 240 ਤੱਕ ਹੈ।

ਅੰਗ 240 ਤੋਂ ਰਾਗੁ ਗਉੜੀ ਮਾਝ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ, 242 ਤੱਕ ਹੈ।

ਰਾਗੁ ਗਉੜੀ ਪੂਰਬੀ ਛੰਤ ਮਹਲਾ ੧

ਅੰਗ 242 ਤੋਂ ਰਾਗੁ ਗਉੜੀ ਪੂਰਬੀ ਛੰਤ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 243 ਤੱਕ ਹੈ।

ੴ ☬ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ ॥ ਰਾਗੁ ਗਉੜੀ ਪੂਰਬੀ ਛੰਤ ਮਹਲਾ ੧ ॥ ਮੁੰਧ ਰੈਣਿ ਦੁਹੇਲੜੀਆ ਜੀਉ ਨੀਦ ਨ ਆਵੈ ॥ ਸਾ ਧਨ ਦੁਬਲੀਆ ਜੀਉ ਪਿਰ ਕੈ ਹਾਵੈ ॥ ਧਨ ਥੀਈ ਦੁਬਲਿ ਕੰਤ ਹਾਵੈ ਕੇਵ ਨੈਣੀ ਦੇਖਏ ॥ ਸੀਗਾਰ ਮਿਠ ਰਸ ਭੋਗ ਭੋਜਨ ਸਭੁ ਝੂਠੁ ਕਿਤੈ ਨ ਲੇਖਏ ॥ ਮੈ ਮਤ ਜੋਬਨਿ ਗਰਬਿ ਗਾਲੀ ਦੁਧਾ ਥਣੀ ਨ ਆਵਏ ॥ ਨਾਨਕ ਸਾ ਧਨ ਮਿਲੈ ਮਿਲਾਈ ਬਿਨੁ

ਪਿਰ ਨੀਦ ਨ ਆਵਏ ॥੧॥ ਮੁੰਧ ਨਿਮਾਨੜੀਆ ਜੀਉ ਬਿਨੁ ਧਨੀ ਪਿਆਰੇ ॥ ਕਿਉ ਸੁਖੁ ਪਾਵੈਗੀ ਬਿਨੁ ਉਰ ਧਾਰੇ ॥ ਨਾਹ ਬਿਨੁ ਘਰ ਵਾਸੁ ਨਾਹੀ ਪੁਛਹੁ ਸਖੀ ਸਹੇਲੀਆ ॥ ਬਿਨੁ ਨਾਮ ਪ੍ਰੀਤਿ ਪਿਆਰੁ ਨਾਹੀ ਵਸਹਿ ਸਾਚਿ ਸੁਹੇਲੀਆ ॥ ਸਚੁ ਮਨਿ ਸਜਨ ਸੰਤੋਖਿ ਮੇਲਾ ਗੁਰਮਤੀ ਸਹੁ ਜਾਣਿਆ ॥ ਨਾਨਕ ਨਾਮੁ ਨ ਛੋਡੈ ਸਾ ਧਨ ਨਾਮਿ ਸਹਜਿ ਸਮਾਣੀਆ ॥੨॥ ਮਿਲੁ ਸਖੀ ਸਹੇਲੜੀਹੋ ਹਮ ਪਿਰੁ ਰਾਵੇਹਾ ॥ ਗੁਰ ਪੁਛਿ ਲਿਖਉਗੀ ਜੀਉ ਸਬਦਿ ਸਨੇਹਾ ॥ ਸਬਦੁ ਸਾਚਾ ਗੁਰਿ ਦਿਖਾਇਆ ਮਨਮੁਖੀ ਪਛੁਤਾਣੀਆ ॥ ਨਿਕਸਿ ਜਾਤਉ ਰਹੈ ਅਸਥਿਰੁ ਜਾਮਿ ਸਚੁ ਪਛਾਣਿਆ ॥ ਸਾਚ ਕੀ ਮਤਿ ਸਦਾ ਨਉਤਨ ਸਬਦਿ ਨੇਹੁ ਨਵੇਲਓ ॥ ਨਾਨਕ ਨਦਰੀ ਸਹਜਿ ਸਾਚਾ ਮਿਲਹੁ ਸਖੀ ਸਹੇਲੀਹੋ ॥੩॥ ਮੇਰੀ ਇਛ ਪੁਨੀ ਜੀਉ ਹਮ ਘਰਿ ਸਾਜਨੁ ਆਇਆ ॥ ਮਿਲਿ ਵਰੁ ਨਾਰੀ ਮੰਗਲੁ ਗਾਇਆ ॥ ਗੁਣ ਗਾਇ ਮੰਗਲੁ ਪ੍ਰੇਮਿ ਰਹਸੀ ਮੁੰਧ ਮਨਿ ਓਮਾਹਓ ॥ ਸਾਜਨ ਰਹੰਸੇ ਦੁਸਟ ਵਿਆਪੇ ਸਾਚੁ ਜਪਿ ਸਚੁ ਲਾਹਓ ॥ ਕਰ ਜੋੜਿ ਸਾ ਧਨ ਕਰੈ ਬਿਨਤੀ ਰੈਣਿ ਦਿਨੁ ਰਸਿ ਭਿੰਨੀਆ ॥ ਨਾਨਕ ਪਿਰੁ ਧਨ ਕਰਹਿ ਰਲੀਆ ਇਛ ਮੇਰੀ ਪੁੰਨੀਆ ॥੪॥੧॥ ਗਉੜੀ ਛੰਤ ਮਹਲਾ ੧ ॥ ਸੁਣਿ ਨਾਹ ਪ੍ਰਭੂ ਜੀਉ ਏਕਲੜੀ ਬਨ ਮਾਹੇ ॥ ਕਿਉ ਧੀਰੈਗੀ ਨਾਹ ਬਿਨਾ ਪ੍ਰਭ ਵੇਪਰਵਾਹੇ ॥ ਧਨ ਨਾਹ ਬਾਝਹੁ ਰਹਿ ਨ ਸਾਕੈ ਬਿਖਮ ਰੈਣਿ ਘਣੇਰੀਆ ॥ ਨਹ ਨੀਦ ਆਵੈ ਪ੍ਰੇਮੁ ਭਾਵੈ ਸੁਣਿ ਬੇਨੰਤੀ ਮੇਰੀਆ ॥ ਬਾਝਹੁ ਪਿਆਰੇ ਕੋਇ ਨ ਸਾਰੇ ਏਕਲੜੀ ਕੁਰਲਾਏ ॥ ਨਾਨਕ ਸਾ ਧਨ ਮਿਲੈ ਮਿਲਾਈ ਬਿਨੁ ਪ੍ਰੀਤਮ ਦੁਖੁ ਪਾਏ ॥੧॥ ਪਿਰਿ ਛੋਡਿਅੜੀ ਜੀਉ ਕਵਣੁ ਮਿਲਾਵੈ ॥ ਰਸਿ ਪ੍ਰੇਮਿ ਮਿਲੀ ਜੀਉ ਸਬਦਿ ਸੁਹਾਵੈ ॥ ਸਬਦੇ ਸੁਹਾਵੈ ਤਾ ਪਤਿ ਪਾਵੈ ਦੀਪਕ ਦੇਹ ਉਜਾਰੈ ॥ ਸੁਣਿ ਸਖੀ ਸਹੇਲੀ ਸਾਚਿ ਸੁਹੇਲੀ ਸਾਚੇ ਕੇ ਗੁਣ ਸਾਰੈ ॥ ਸਤਿਗੁਰਿ ਮੇਲੀ ਤਾ ਪਿਰਿ ਰਾਵੀ ਬਿਗਸੀ ਅੰਮ੍ਰਿਤ ਬਾਣੀ ॥ ਨਾਨਕ ਸਾ ਧਨ ਤਾ ਪਿਰੁ ਰਾਵੇ ਜਾ ਤਿਸ ਕੈ ਮਨਿ ਭਾਣੀ ॥੨॥ ਮਾਇਆ ਮੋਹਣੀ ਨੀਘਰੀਆ ਜੀਉ ਕੂੜਿ ਮੁਠੀ ਕੂੜਿਆਰੇ ॥ ਕਿਉ ਖੂਲੈ ਗਲ ਜੇਵੜੀਆ ਜੀਉ ਬਿਨੁ ਗੁਰ ਅਤਿ ਪਿਆਰੇ ॥ ਹਰਿ ਪ੍ਰੀਤਿ ਪਿਆਰੇ ਸਬਦਿ ਵੀਚਾਰੇ ਤਿਸ ਹੀ ਕਾ ਸੋ ਹੋਵੈ ॥ ਪੁੰਨ ਦਾਨ ਅਨੇਕ ਨਾਵਣ ਕਿਉ ਅੰਤਰ ਮਲੁ ਧੋਵੈ ॥ ਨਾਮ ਬਿਨਾ ਗਤਿ ਕੋਇ ਨ ਪਾਵੈ ਹਠਿ ਨਿਗ੍ਰਹਿ ਬੇਬਾਣੈ ॥ ਨਾਨਕ ਸਚ ਘਰੁ ਸਬਦਿ ਸਿਞਾਪੈ ਦੁਬਿਧਾ ਮਹਲੁ ਕਿ ਜਾਣੈ ॥੩॥ ਤੇਰਾ ਨਾਮੁ ਸਚਾ ਜੀਉ

ਸਬਦੁ ਸਚਾ ਵੀਚਾਰੋ ॥ ਤੇਰਾ ਮਹਲੁ ਸਚਾ ਜੀਉ ਨਾਮੁ ਸਚਾ ਵਾਪਾਰੋ ॥ ਨਾਮ ਕਾ ਵਾਪਾਰੁ ਮੀਠਾ ਭਗਤਿ ਲਾਹਾ ਅਨਦਿਨੋ ॥ ਤਿਸੁ ਬਾਝੁ ਵਖਰੁ ਕੋਇ ਨ ਸੁਝੈ ਨਾਮੁ ਲੇਵਹੁ ਖਿਨੁ ਖਿਨੋ ॥ ਪਰਖਿ ਲੇਖਾ ਨਦਰਿ ਸਾਚੀ ਕਰਮਿ ਪੂਰੈ ਪਾਇਆ ॥ ਨਾਨਕ ਨਾਮੁ ਮਹਾ ਰਸੁ ਮੀਠਾ ਗੁਰਿ ਪੂਰੈ ਸਚੁ ਪਾਇਆ ॥੪॥੨॥

ਅੰਗ 243 ਤੋਂ ਰਾਗੁ ਗਉੜੀ ਪੂਰਬੀ ਛੰਤ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 247 ਤੱਕ ਹੈ।

ਅੰਗ 247 ਤੋਂ ਰਾਗੁ ਗਉੜੀ ਛੰਤ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ, ਅੰਗ 250 ਤੱਕ ਹੈ।

ਅੰਗ 250 ਤੋਂ ਗਉੜੀ ਬਾਵਨ ਅਖਰੀ ਮਹਲਾ ੫ ॥ ਸਲੋਕੁ ॥ ਸ਼ੁਰੂ ਹੋ ਜਾਂਦੇ ਹਨ ਜੋ, ਅੰਗ 262 ਤੱਕ ਹਨ।

ਅੰਗ 262 ਤੋਂ ਗਉੜੀ ਸੁਖਮਨੀ ਮਃ ੫ ॥ ਸਲੋਕੁ ॥ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 296 ਤੱਕ ਹੈ।

ਅੰਗ 296 ਤੋਂ ਥਿਤੀ ਗਉੜੀ ਮਹਲਾ ੫ ॥ ਸਲੋਕੁ ॥ ਬਾਣੀ ਸ਼ੁਰੂ ਹੋ ਜਾਂਦੀ ਹੈ, ਅੰਗ 300 ਤੱਕ ਹੈ।

ਅੰਗ 300 ਤੋਂ ਗਉੜੀ ਕੀ ਵਾਰ ਮਹਲਾ ੪ ॥ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 317 ਤੱਕ ਹੈ। ਇਸ ਵਾਰ ਬਾਣੀ ਵਿਚ ਤੀਜੇ, ਚੌਥੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਹੈ।

ਅੰਗ 318 ਗਉੜੀ ਕੀ ਵਾਰ ਮਹਲਾ ੫ ਰਾਇ ਕਮਾਲਦੀ ਮੋਜਦੀ ਕੀ ਵਾਰ ਕੀ ਧੁਨਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 323 ਤੱਕ ਹੈ।

ਅੰਗ 323 ਤੋਂ ਰਾਗੁ ਗਉੜੀ ਭਗਤਾਂ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ। ਇਸ ਬਾਣੀ ਵਿਚ ਗਉੜੀ ਗੁਆਰੇਰੀ ਸ੍ਰੀ ਕਬੀਰ ਜੀਉ ਕੇ ਚਉਪਦੇ ੧੪ ਹਨ। ਇਹ ਬਾਣੀ ਅੰਗ 330 ਤੱਕ ਹੈ।

ਅੰਗ 330 ਤੋਂ ਰਾਗ ਗਉੜੀ ਗੁਆਰੇਰੀ ਅਸਟਪਦੀ ਕਬੀਰ ਜੀ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 332 ਤੱਕ ਹੈ।

ਅੰਗ 332 'ਤੇ ਗਉੜੀ ਚੇਤੀ ਬਾਣੀ ਹੈ ਅਤੇ ਰਾਗ ਗਉੜੀ ਬੈਰਾਗਣਿ ਕਬੀਰ ਜੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 334 ਤੱਕ ਹੈ।

ਅੰਗ 334 ਤੋਂ ਰਾਗੁ ਗਉੜੀ ਪੂਰਬੀ ਕਬੀਰ ਜੀ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 340 ਤੱਕ ਹੈ।

ਅੰਗ 340 ਤੋਂ ਰਾਗੁ ਗਉੜੀ ਪੂਰਬੀ ਬਾਵਨ ਅਖਰੀ ਕਬੀਰ ਜੀਉ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 343 ਤੱਕ ਹੈ।

ਰਾਗੁ ਗਉੜੀ ਥਿੰਤੀ ਕਬੀਰ ਜੀ ਕੀ ॥ ਸਲੋਕੁ ॥ ਸ਼ੁਰੂ ਹੋ ਜਾਂਦੇ ਹਨ ਜੋ, ਅੰਗ 344 ਤੱਕ ਹਨ।

ਅੰਗ 344 ਤੋਂ ਰਾਗੁ ਗਉੜੀ ਵਾਰ ਕਬੀਰ ਜੀਉ ਕੇ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 344 ਤੱਕ ਹੈ।

ਅੰਗ 345 ਤੋਂ ਰਾਗੁ ਗਉੜੀ ਚੇਤੀ ਬਾਣੀ ਨਾਮਦੇਉ ਜੀਉ ਕੀ ਅਤੇ ਰਾਗੁ ਗਉੜੀ ਰਵਿਦਾਸ ਜੀ ਕੇ ਪਦੇ ਗਉੜੀ ਗੁਆਰੇਰੀ ਰਾਗੁ ਵਿਚ ਹਨ।

ਅੰਗ 345 ਤੋਂ ਗਉੜੀ ਬੈਰਾਗਣਿ ਰਵਿਦਾਸ ਜੀਉ ਕੀ ਬਾਣੀ ਜੋ ਅੰਗ 346 ਤੱਕ ਹੈ।

ਅੰਗ 346 'ਤੇ ਗਉੜੀ ਪੂਰਬੀ ਰਵਿਦਾਸ ਜੀਉ ਕੀ ਬਾਣੀ ਹੈ ਅਤੇ ਗਉੜੀ ਬੈਰਾਗਣਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 347 ਤੱਕ ਹੈ।

ਰਾਗੁ ਆਸਾ ਮਹਲਾ ੧ ਘਰੁ ੧ ਸੋ ਦਰੁ

ਅੰਗ 348 ਤੋਂ ਪਹਿਲੇ ਪਾਤਸ਼ਾਹ ਦੀ ਰਾਗੁ ਆਸਾ ਮਹਲਾ ੧ ਘਰੁ ੧ ਸੋ ਦਰੁ ॥ ਬਾਣੀ ਸ਼ੁਰੂ ਹੋ ਜਾਂਦੀ ਹੈ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਆਸਾ ਮਹਲਾ ੧ ਘਰੁ ੧ ਸੋ ਦਰੁ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮ੍ਹਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨ੍ਹਿ ਤੁਧਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮ ਦੁਆਰੇ ॥ ਗਾਵਨ੍ਹਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਵੀਚਾਰੇ ॥ ਗਾਵਨ੍ਹਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨ੍ਹਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨ੍ਹਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨ੍ਹਿ ਤੁਧਨੋ ਸਾਧ ਬੀਚਾਰੇ ॥ ਗਾਵਨ੍ਹਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜੇ ਰਖੀਸੁਰ ਜੁਗੁ ਜੁਗੁ ਬੇਦਾ

ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨ੍ਹਿ ਤੁਧਨੋ ਰਤਨ ਉਪਾਏ ਤੇਰੇ ਜੇਤੇ ਅਠਸਠਿ ਤੀਰਥ ਨਾਲੇ ॥ ਗਾਵਨ੍ਹਿ ਤੁਧਨੋ ਜੋਧ ਮਹਾਬਲ ਸੂਰਾ ਗਾਵਨ੍ਹਿ ਤੁਧਨੋ ਖਾਣੀ ਚਾਰੇ ॥ ਗਾਵਨ੍ਹਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨ੍ਹਿ ਜੋ ਤੁਧੁ ਭਾਵਨ੍ਹਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਅਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿ ਸਾਹਿਬੁ ਨਾਨਕ ਰਹਣੁ ਰਜਾਈ ॥੧॥੧॥

ਅੰਗ 348 'ਤੇ ਆਸਾ ਮਹਲਾ ੪ ਬਾਣੀ ਹੈ ਅਤੇ.....

ਰਾਗੁ ਆਸਾ ਮਹਲਾ ੧

ਅੰਗ 348 ਤੋਂ ਰਾਗੁ ਆਸਾ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 360 ਤੱਕ ਹੈ।

ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਮਹਲਾ ੧ ਚਉਪਦੇ ਘਰੁ ੨ ॥ ਸੁਣਿ ਵਡਾ ਆਖੈ ਸਭ ਕੋਈ ॥ ਕੇਵਡੁ ਵਡਾ ਡੀਠਾ ਹੋਈ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਈ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ

॥ ਗਿਆਨੀ ਧਿਆਨੀ ਗੁਰ ਗੁਰ ਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆਂ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਬੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂੰ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੧॥ ਆਸਾ ਮਹਲਾ ੧ ॥ ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਤਿਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਂਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੨॥ ਆਸਾ ਮਹਲਾ ੧ ॥ ਜੇ ਦਰਿ ਮਾਂਗਤੁ ਕੂਕ ਕਰੇ ਮਹਲੀ ਖਸਮੁ ਸੁਣੇ ॥ ਭਾਵੈ ਧੀਰਕ ਭਾਵੈ ਧਕੇ ਏਕ ਵਡਾਈ ਦੇਇ ॥੧॥ ਜਾਣਹੁ ਜੋਤਿ ਨ ਪੂਛਹੁ ਜਾਤੀ ਆਗੈ ਜਾਤਿ ਨ ਹੇ ॥੧॥ ਰਹਾਉ ॥ ਆਪਿ ਕਰਾਏ ਆਪਿ ਕਰੇਇ ॥ ਆਪਿ ਉਲਾਮ੍ਹੇ ਚਿਤਿ ਧਰੇਇ ॥ ਜਾ ਤੂੰ ਕਰਣਹਾਰੁ ਕਰਤਾਰੁ ॥ ਕਿਆ ਮੁਹਤਾਜੀ ਕਿਆ ਸੰਸਾਰੁ ॥੨॥ ਆਪਿ ਉਪਾਏ ਆਪੇ ਦੇਇ ॥ ਆਪੇ ਦੁਰਮਤਿ ਮਨਹਿ ਕਰੇਇ ॥ ਗੁਰ ਪਰਸਾਦਿ ਵਸੈ ਮਨਿ ਆਇ ॥ ਦੁਖੁ ਅਨ੍ਹੇਰਾ ਵਿਚਹੁ ਜਾਇ ॥੩॥ ਸਾਚੁ ਪਿਆਰਾ ਆਪਿ ਕਰੇਇ ॥ ਅਵਰੀ ਕਉ ਸਾਚੁ ਨ ਦੇਇ ॥ ਜੇ ਕਿਸੈ ਦੇਇ ਵਖਾਣੈ ਨਾਨਕੁ ਆਗੈ ਪੂਛ ਨ ਲੇਇ ॥੪॥੩॥ ਆਸਾ ਮਹਲਾ ੧ ॥ ਤਾਲ ਮਦੀਰੇ ਘਟ ਕੇ ਘਾਟ ॥ ਦੋਲਕ ਦੁਨੀਆ ਵਾਜਹਿ ਵਾਜ ॥ ਨਾਰਦੁ ਨਾਚੈ ਕਲਿ ਕਾ ਭਾਉ ॥ ਜਤੀ ਸਤੀ ਕਹ ਰਾਖਹਿ ਪਾਉ ॥੧॥ ਨਾਨਕ ਨਾਮ ਵਿਟਹੁ ਕੁਰਬਾਣੁ ॥ ਅੰਧੀ ਦੁਨੀਆ ਸਾਹਿਬੁ ਜਾਣੁ ॥੧॥ ਰਹਾਉ ॥ ਗੁਰੂ ਪਾਸਹੁ ਫਿਰਿ ਚੇਲਾ ਖਾਇ ॥ ਤਾਮਿ ਪਰੀਤਿ ਵਸੈ ਘਰਿ ਆਇ ॥ ਜੇ ਸਉ ਵਰ੍ਹਿਆ ਜੀਵਣ ਖਾਣੁ ॥ ਖਸਮ ਪਛਾਣੈ ਸੋ ਦਿਨੁ ਪਰਵਾਣੁ ॥੨॥ ਦਰਸਨਿ ਦੇਖਿਐ ਦਇਆ ਨ ਹੋਇ ॥ ਲਏ ਦਿਤੇ ਵਿਣੁ

ਰਹੈ ਨ ਕੋਇ ॥ ਰਾਜਾ ਨਿਆਉ ਕਰੇ ਹਥਿ ਹੋਇ ॥ ਕਹੈ ਖੁਦਾਇ ਨ ਮਾਨੈ ਕੋਇ ॥੩॥ ਮਾਣਸ ਮੂਰਤਿ ਨਾਨਕੁ ਨਾਮੁ ॥ ਕਰਣੀ ਕੁਤਾ ਦਰਿ ਫੁਰਮਾਨੁ ॥ ਗੁਰ ਪਰਸਾਦਿ ਜਾਣੈ ਮਿਹਮਾਨੁ ॥ ਤਾ ਕਿਛੁ ਦਰਗਹ ਪਾਵੈ ਮਾਨੁ ॥੪॥੪॥ ਆਸਾ ਮਹਲਾ ੧ ॥ ਜੇਤਾ ਸਬਦੁ ਸੁਰਤਿ ਧੁਨਿ ਤੇਤੀ ਜੇਤਾ ਰੂਪੁ ਕਾਇਆ ਤੇਰੀ ॥ ਤੂੰ ਆਪੇ ਰਸਨਾ ਆਪੇ ਬਸਨਾ ਅਵਰੁ ਨ ਦੂਜਾ ਕਹਉ ਮਾਈ ॥੧॥ ਸਾਹਿਬੁ ਮੇਰਾ ਏਕੋ ਹੈ ॥ ਏਕੋ ਹੈ ਭਾਈ ਏਕੋ ਹੈ ॥੧॥ ਰਹਾਉ ॥ ਆਪੇ ਮਾਰੇ ਆਪੇ ਛੋਡੈ ਆਪੇ ਲੇਵੈ ਦੇਇ ॥ ਆਪੇ ਵੇਖੈ ਆਪੇ ਵਿਗਸੈ ਆਪੇ ਨਦਰਿ ਕਰੇਇ ॥੨॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ ॥ ਜੈਸਾ ਵਰਤੈ ਤੈਸੋ ਕਹੀਐ ਸਭ ਤੇਰੀ ਵਡਿਆਈ ॥੩॥ ਕਲਿ ਕਲਵਾਲੀ ਮਾਇਆ ਮਦੁ ਮੀਠਾ ਮਨੁ ਮਤਵਾਲਾ ਪੀਵਤੁ ਰਹੈ ॥ ਆਪੇ ਰੂਪ ਕਰੇ ਬਹੁ ਭਾਂਤੀਂ ਨਾਨਕੁ ਬਪੁੜਾ ਏਵ ਕਹੈ ॥੪॥੫॥ ਆਸਾ ਮਹਲਾ ੧ ॥ ਵਾਜਾ ਮਤਿ ਪਖਾਵਜੁ ਭਾਉ ॥ ਹੋਇ ਅਨੰਦੁ ਸਦਾ ਮਨਿ ਚਾਉ ॥ ਏਹਾ ਭਗਤਿ ਏਹੋ ਤਪ ਤਾਉ ॥ ਇਤੁ ਰੰਗਿ ਨਾਚਹੁ ਰਖਿ ਰਖਿ ਪਾਉ ॥੨॥ ਪੂਰੇ ਤਾਲ ਜਾਣੈ ਸਾਲਾਹ ॥ ਹੋਰੁ ਨਚਣਾ ਖੁਸੀਆ ਮਨ ਮਾਹ ॥੧॥ ਰਹਾਉ ॥ ਸਤੁ ਸੰਤੋਖੁ ਵਜਹਿ ਦੁਇ ਤਾਲ ॥ ਪੈਰੀ ਵਾਜਾ ਸਦਾ ਨਿਹਾਲ ॥ ਰਾਗੁ ਨਾਦੁ ਨਹੀ ਦੂਜਾ ਭਾਉ ॥ ਇਤੁ ਰੰਗਿ ਨਾਚਹੁ ਰਖਿ ਰਖਿ ਪਾਉ ॥੨॥ ਭਉ ਫੇਰੀ ਹੋਵੈ ਮਨ ਚੀਤਿ ॥ ਬਹਦਿਆ ਉਠਦਿਆ ਨੀਤਾ ਨੀਤਿ ॥ ਲੇਟਣਿ ਲੇਟਿ ਜਾਣੈ ਤਨੁ ਸੁਆਹੁ ॥ ਇਤੁ ਰੰਗਿ ਨਾਚਹੁ ਰਖਿ ਰਖਿ ਪਾਉ ॥੩॥ ਸਿਖ ਸਭਾ ਦੀਖਿਆ ਕਾ ਭਾਉ ॥ ਗੁਰਮੁਖਿ ਸੁਣਣਾ ਸਾਚਾ ਨਾਉ ॥ ਨਾਨਕ ਆਖਣੁ ਵੇਰਾ ਵੇਰ ॥ ਇਤੁ ਰੰਗਿ ਨਾਚਹੁ ਰਖਿ ਰਖਿ ਪੈਰ ॥੪॥੬ ॥ ਆਸਾ ਮਹਲਾ ੧ ॥ ਪਉਣੁ ਉਪਾਇ ਧਰੀ ਸਭ ਧਰਤੀ ਜਲ ਅਗਨੀ ਕਾ ਬੰਧੁ ਕੀਆ ॥ ਅੰਧੁਲੈ ਦਹਸਿਰਿ ਮੂੰਡੁ ਕਟਾਇਆ ਰਾਵਣੁ ਮਾਰਿ ਕਿਆ ਵਡਾ ਭਇਆ ॥੧॥ ਕਿਆ ਉਪਮਾ ਤੇਰੀ ਆਖੀ ਜਾਇ ॥ ਤੂੰ ਸਰਬੇ ਪੂਰਿ ਰਹਿਆ ਲਿਵ ਲਾਇ ॥੧॥ ਰਹਾਉ ॥ ਜੀਅ ਉਪਾਇ ਜੁਗਤਿ ਹਥਿ ਕੀਨੀ ਕਾਲੀ ਨਥਿ ਕਿਆ ਵਡਾ ਭਇਆ ॥ ਕਿਸੁ ਤੂੰ ਪੁਰਖੁ ਜੋਰੂ ਕਉਣ ਕਹੀਐ ਸਰਬ ਨਿਰੰਤਰਿ ਰਵਿ ਰਹਿਆ ॥੨॥ ਨਾਲਿ ਕੁਟੰਬੁ ਸਾਥਿ ਵਰਦਾਤਾ ਬ੍ਰਹਮਾ ਭਾਲਣ ਸ੍ਰਿਸਟਿ ਗਇਆ ॥ ਆਗੈ ਅੰਤੁ ਨ ਪਾਇਓ ਤਾ ਕਾ ਕੰਸੁ ਛੇਦਿ ਕਿਆ ਵਡਾ ਭਇਆ ॥੩॥ ਰਤਨ ਉਪਾਇ ਧਰੇ ਖੀਰੁ ਮਥਿਆ ਹੋਰਿ ਭਖਲਾਏ ਜਿ ਅਸੀ

ਕੀਆ ॥ ਕਹੈ ਨਾਨਕੁ ਛਪੈ ਕਿਉ ਛਪਿਆ ਏਕੀ ਏਕੀ ਵੰਡਿ ਦੀਆ ॥੪॥੭॥ ਆਸਾ ਮਹਲਾ ੧ ॥ ਕਰਮ ਕਰਤੂਤਿ ਬੇਲਿ ਬਿਸਥਾਰੀ ਰਾਮ ਨਾਮੁ ਫਲੁ ਹੂਆ ॥ ਤਿਸੁ ਰੂਪੁ ਨ ਰੇਖ ਅਨਾਹਦੁ ਵਾਜੈ ਸਬਦੁ ਨਿਰੰਜਨਿ ਕੀਆ ॥੧॥ ਕਰੇ ਵਖਿਆਣੁ ਜਾਣੈ ਜੇ ਕੋਈ ॥ ਅੰਮ੍ਰਿਤੁ ਪੀਵੈ ਸੋਈ ॥੧॥ ਰਹਾਉ ॥ ਜਿਨ੍ ਪੀਆ ਸੇ ਮਸਤ ਭਏ ਹੈ ਤੂਟੇ ਬੰਧਨ ਫਾਹੇ ॥ ਜੋਤੀ ਜੋਤਿ ਸਮਾਣੀ ਭੀਤਰਿ ਤਾ ਛੋਡੇ ਮਾਇਆ ਕੇ ਲਾਹੇ ॥੨॥ ਸਰਬ ਜੋਤਿ ਰੂਪੁ ਤੇਰਾ ਦੇਖਿਆ ਸਗਲ ਭਵਨ ਤੇਰੀ ਮਾਇਆ ॥ ਰਾਰੈ ਰੂਪਿ ਨਿਰਾਲਮੁ ਬੈਠਾ ਨਦਰਿ ਕਰੇ ਵਿਚਿ ਛਾਇਆ ॥੩॥ ਬੀਣਾ ਸਬਦੁ ਵਜਾਵੈ ਜੋਗੀ ਦਰਸਨਿ ਰੂਪਿ ਅਪਾਰਾ ॥ ਸਬਦਿ ਅਨਾਹਦਿ ਸੋ ਸਹੁ ਰਾਤਾ ਨਾਨਕੁ ਕਹੈ ਵਿਚਾਰਾ ॥੪॥੮॥ ਆਸਾ ਮਹਲਾ ੧ ॥ ਮੈ ਗੁਣ ਗਲਾ ਕੇ ਸਿਰਿ ਭਾਰ ॥ ਗਲੀ ਗਲਾ ਸਿਰਜਣਹਾਰ ॥ ਖਾਣਾ ਪੀਣਾ ਹਸਣਾ ਬਾਦਿ ॥ ਜਬ ਲਗੁ ਰਿਦੈ ਨ ਆਵਹਿ ਯਾਦਿ ॥੧॥ ਤਉ ਪਰਵਾਹ ਕੇਹੀ ਕਿਆ ਕੀਜੈ ॥ ਜਨਮਿ ਜਨਮਿ ਕਿਛੁ ਲੀਜੀ ਲੀਜੈ ॥੧॥ ਰਹਾਉ ॥ ਮਨ ਕੀ ਮਤਿ ਮਤਾਗਲੁ ਮਤਾ ॥ ਜੋ ਕਿਛੁ ਬੋਲੀਐ ਸਭੁ ਖਤੋ ਖਤਾ ॥ ਕਿਆ ਮੁਹੁ ਲੈ ਕੀਚੈ ਅਰਦਾਸਿ ॥ ਪਾਪੁ ਪੁੰਨੁ ਦੁਇ ਸਾਖੀ ਪਾਸਿ ॥੨॥ ਜੈਸਾ ਤੂੰ ਕਰਹਿ ਤੈਸਾ ਕੋ ਹੋਇ ॥ ਤੁਝ ਬਿਨੁ ਦੂਜਾ ਨਾਹੀ ਕੋਇ ॥ ਜੇਹੀ ਤੂੰ ਮਤਿ ਦੇਹਿ ਤੇਹੀ ਕੋ ਪਾਵੈ ॥ ਤੁਧੁ ਆਪੇ ਭਾਵੈ ਤਿਵੈ ਚਲਾਵੈ ॥੩॥ ਰਾਗ ਰਤਨ ਪਰੀਆ ਪਰਵਾਰ ॥ ਤਿਸੁ ਵਿਚਿ ਉਪਜੈ ਅੰਮ੍ਰਿਤੁ ਸਾਰ ॥ ਨਾਨਕ ਕਰਤੇ ਕਾ ਇਹੁ ਧਨੁ ਮਾਲੁ ॥ ਜੇ ਕੋ ਬੂਝੈ ਏਹੁ ਬੀਚਾਰੁ ॥੪॥੯॥ ਆਸਾ ਮਹਲਾ ੧ ॥ ਕਰਿ ਕਿਰਪਾ ਅਪਨੈ ਘਰਿ ਆਇਆ ਤਾ ਮਿਲਿ ਸਖੀਆ ਕਾਜੁ ਰਚਾਇਆ ॥ ਖੇਲੁ ਦੇਖਿ ਮਨਿ ਅਨਦੁ ਭਇਆ ਸਹੁ ਵੀਆਹਣ ਆਇਆ ॥੧॥ ਗਾਵਹੁ ਗਾਵਹੁ ਕਾਮਣੀ ਬਿਬੇਕ ਬੀਚਾਰੁ ॥ ਹਮਰੈ ਘਰਿ ਆਇਆ ਜਗਜੀਵਨੁ ਭਤਾਰੁ ॥੧॥ ਰਹਾਉ ॥ ਗੁਰੂ ਦੁਆਰੈ ਹਮਰਾ ਵੀਆਹੁ ਜਿ ਹੋਆ ਜਾਂ ਸਹੁ ਮਿਲਿਆ ਤਾਂ ਜਾਨਿਆ ॥ ਤਿਹੁ ਲੋਕਾ ਮਹਿ ਸਬਦੁ ਰਵਿਆ ਹੈ ਆਪੁ ਗਇਆ ਮਨੁ ਮਾਨਿਆ ॥੨॥ ਆਪਣਾ ਕਾਰਜੁ ਆਪਿ ਸਵਾਰੇ ਹੋਰਨਿ ਕਾਰਜੁ ਨ ਹੋਈ ॥ ਜਿਤੁ ਕਾਰਜਿ ਸਤੁ ਸੰਤੋਖੁ ਦਇਆ ਧਰਮੁ ਹੈ ਗੁਰਮੁਖਿ ਬੂਝੈ ਕੋਈ ॥੩॥ ਭਨਤਿ ਨਾਨਕੁ ਸਭਨਾ ਕਾ ਪਿਰੁ ਏਕੋ ਸੋਇ ॥ ਜਿਸ ਨੋ ਨਦਰਿ ਕਰੇ ਸਾ ਸੋਹਾਗਣਿ ਹੋਇ ॥੪॥੧੦॥ ਆਸਾ ਮਹਲਾ ੧ ॥ ਗ੍ਰਿਹੁ ਬਨੁ ਸਮਸਰਿ ਸਹਜਿ ਸੁਭਾਇ ॥ ਦੁਰਮਤਿ ਗਤੁ ਭਈ ਕੀਰਤਿ

ਠਾਇ ॥ ਸਚ ਪਉੜੀ ਸਾਚਉ ਮੁਖਿ ਨਾਂਉ ॥ ਸਤਿਗੁਰੁ ਸੇਵਿ ਪਾਏ ਨਿਜ ਥਾਉ ॥੧॥ ਮਨ ਚੂਰੇ ਖਟੁ ਦਰਸਨ ਜਾਣੁ ॥ ਸਰਬ ਜੋਤਿ ਪੂਰਨ ਭਗਵਾਨੁ ॥੧॥ ਰਹਾਉ ॥ ਅਧਿਕ ਤਿਆਸ ਭੇਖ ਬਹੁ ਕਰੈ ॥ ਦੁਖੁ ਬਿਖਿਆ ਸੁਖੁ ਤਨਿ ਪਰਹਰੈ ॥ ਕਾਮੁ ਕ੍ਰੋਧੁ ਅੰਤਰਿ ਧਨੁ ਹਿਰੈ ॥ ਦੁਬਿਧਾ ਛੋਡਿ ਨਾਮਿ ਨਿਸਤਰੈ ॥੨॥ ਸਿਫਤਿ ਸਲਾਹਣੁ ਸਹਜ ਅਨੰਦ ॥ ਸਖਾ ਸੈਨੁ ਪ੍ਰੇਮੁ ਗੋਬਿੰਦ ॥ ਆਪੇ ਕਰੇ ਆਪੇ ਬਖਸਿੰਦੁ ॥ ਤਨੁ ਮਨੁ ਹਰਿ ਪਹਿ ਆਗੈ ਜਿੰਦੁ ॥੩॥ ਝੂਠ ਵਿਕਾਰ ਮਹਾ ਦੁਖੁ ਦੇਹ ॥ ਭੇਖ ਵਰਨ ਦੀਸਹਿ ਸਭਿ ਖੇਹ ॥ ਜੋ ਉਪਜੈ ਸੋ ਆਵੈ ਜਾਇ ॥ ਨਾਨਕ ਅਸਥਿਰੁ ਨਾਮੁ ਰਜਾਇ ॥੪॥੧੧॥ ਆਸਾ ਮਹਲਾ ੧ ॥ ਏਕੋ ਸਰਵਰੁ ਕਮਲ ਅਨੂਪ ॥ ਸਦਾ ਬਿਗਾਸੈ ਪਰਮਲ ਰੂਪ ॥ ਊਜਲ ਮੋਤੀ ਚੂਗਹਿ ਹੰਸ ॥ ਸਰਬ ਕਲਾ ਜਗਦੀਸੈ ਅੰਸ ॥੧॥ ਜੋ ਦੀਸੈ ਸੋ ਉਪਜੈ ਬਿਨਸੈ ॥ ਬਿਨੁ ਜਲ ਸਰਵਰਿ ਕਮਲੁ ਨ ਦੀਸੈ ॥੧॥ ਰਹਾਉ ॥ ਬਿਰਲਾ ਬੂਝੈ ਪਾਵੈ ਭੇਦੁ ॥ ਸਾਖਾ ਤੀਨਿ ਕਹੈ ਨਿਤ ਬੇਦੁ ॥ ਨਾਦ ਬਿੰਦ ਕੀ ਸੁਰਤਿ ਸਮਾਇ ॥ ਸਤਿਗੁਰੁ ਸੇਵਿ ਪਰਮ ਪਦੁ ਪਾਇ ॥੨॥ ਮੁਕਤੋ ਰਾਤਉ ਰੰਗਿ ਰਵਾਂਤਉ ॥ ਰਾਜਨ ਰਾਜਿ ਸਦਾ ਬਿਗਸਾਂਤਉ ॥ ਜਿਸੁ ਤੂੰ ਰਾਖਹਿ ਕਿਰਪਾ ਧਾਰਿ ॥ ਬੂਡਤ ਪਾਹਨ ਤਾਰਹਿ ਤਾਰਿ ॥੩॥ ਤ੍ਰਿਭਵਣ ਮਹਿ ਜੋਤਿ ਤ੍ਰਿਭਵਣ ਮਹਿ ਜਾਣਿਆ ॥ ਉਲਟ ਭਈ ਘਰੁ ਘਰ ਮਹਿ ਆਣਿਆ ॥ ਅਹਿਨਿਸਿ ਭਗਤਿ ਕਰੇ ਲਿਵ ਲਾਇ ॥ ਨਾਨਕੁ ਤਿਨ ਕੈ ਲਾਗੈ ਪਾਇ ॥੪॥੧੨॥ ਆਸਾ ਮਹਲਾ ੧ ॥ ਗੁਰਮਤਿ ਸਾਚੀ ਹੁਜਤਿ ਦੂਰਿ ॥ ਬਹੁਤੁ ਸਿਆਣਪ ਲਾਗੈ ਧੂਰਿ ॥ ਲਾਗੀ ਮੈਲੁ ਮਿਟੈ ਸਚ ਨਾਇ ॥ ਗੁਰ ਪਰਸਾਦਿ ਰਹੈ ਲਿਵ ਲਾਇ ॥੧॥ ਹੈ ਹਜੂਰਿ ਹਾਜਰੁ ਅਰਦਾਸਿ ॥ ਦੁਖੁ ਸੁਖੁ ਸਾਚੁ ਕਰਤੇ ਪ੍ਰਭ ਪਾਸਿ ॥੧॥ ਰਹਾਉ ॥ ਕੂੜੁ ਕਮਾਵੈ ਆਵੈ ਜਾਵੈ ॥ ਕਹਣਿ ਕਥਨਿ ਵਾਰਾ ਨਹੀ ਆਵੈ ॥ ਕਿਆ ਦੇਖਾ ਸੂਝ ਬੂਝ ਨ ਪਾਵੈ ॥ ਬਿਨੁ ਨਾਵੈ ਮਨਿ ਤ੍ਰਿਪਤਿ ਨ ਆਵੈ ॥੨॥ ਜੋ ਜਨਮੇ ਸੇ ਰੋਗਿ ਵਿਆਪੇ ॥ ਹਉਮੈ ਮਾਇਆ ਦੂਖਿ ਸੰਤਾਪੇ ॥ ਸੇ ਜਨ ਬਾਚੇ ਜੋ ਪ੍ਰਭਿ ਰਾਖੇ ॥੩॥ ਸਤਿਗੁਰੁ ਸੇਵਿ ਅੰਮ੍ਰਿਤ ਰਸੁ ਚਾਖੇ ॥੩॥ ਚਲਤਉ ਮਨੁ ਰਾਖੈ ਅੰਮ੍ਰਿਤੁ ਚਾਖੈ ॥ ਸਤਿਗੁਰ ਸੇਵਿ ਅੰਮ੍ਰਿਤ ਸਬਦੁ ਭਾਖੈ ॥ ਸਾਚੈ ਸਬਦਿ ਮੁਕਤਿ ਗਤਿ ਪਾਏ ॥ ਨਾਨਕ ਵਿਚਹੁ ਆਪੁ ਗਵਾਏ ॥੪॥੧੩॥ ਆਸਾ ਮਹਲਾ ੧ ॥ ਜੋ ਤਿਨਿ ਕੀਆ ਸੋ ਸਚੁ ਥੀਆ ॥ ਅੰਮ੍ਰਿਤ ਨਾਮੁ ਸਤਿਗੁਰਿ ਦੀਆ ॥ ਹਿਰਦੈ ਨਾਮੁ ਨਾਹੀ ਮਨਿ ਭੰਗੁ ॥

ਅਨਦਿਨੁ ਨਾਲਿ ਪਿਆਰੇ ਸੰਗੁ ॥੧॥ ਹਰਿ ਜੀਉ ਰਾਖਹੁ ਅਪਨੀ ਸਰਣਾਈ ॥ ਗੁਰ ਪਰਸਾਦੀ ਹਰਿ ਰਸੁ ਪਾਇਆ ਨਾਮੁ ਪਦਾਰਥੁ ਨਉ ਨਿਧਿ ਪਾਈ ॥੧॥ ਰਹਾਉ ॥ ਕਰਮ ਧਰਮ ਸਚੁ ਸਾਚਾ ਨਾਉ ॥ ਤਾ ਕੈ ਸਦ ਬਲਿਹਾਰੈ ਜਾਉ ॥ ਜੋ ਹਰਿ ਰਾਤੇ ਸੇ ਜਨ ਪਰਵਾਣੁ ॥ ਤਿਨ ਕੀ ਸੰਗਤਿ ਪਰਮ ਨਿਧਾਨੁ ॥੨॥ ਹਰਿ ਵਰੁ ਜਿਨਿ ਪਾਇਆ ਧਨ ਨਾਰੀ ॥ ਹਰਿ ਸਿਉ ਰਾਤੀ ਸਬਦੁ ਵੀਚਾਰੀ ॥ ਆਪਿ ਤਰੈ ਸੰਗਤਿ ਕੁਲ ਤਾਰੈ ॥ ਸਤਿਗੁਰੁ ਸੇਵਿ ਤਤੁ ਵੀਚਾਰੈ ॥੩॥ ਹਮਰੀ ਜਾਤਿ ਪਤਿ ਸਚੁ ਨਾਉ ॥ ਕਰਮ ਧਰਮ ਸੰਜਮੁ ਸਤ ਭਾਉ ॥ ਨਾਨਕ ਬਖਸੇ ਪੂਛ ਨ ਹੋਇ ॥ ਦੂਜਾ ਮੇਟੇ ਏਕੋ ਸੋਇ ॥੪॥੧੪॥ ਆਸਾ ਮਹਲਾ ੧ ॥ ਇਕਿ ਆਵਹਿ ਇਕਿ ਜਾਵਹਿ ਆਈ ॥ ਇਕਿ ਹਰਿ ਰਾਤੇ ਰਹਹਿ ਸਮਾਈ ॥ ਇਕਿ ਧਰਨਿ ਗਗਨ ਮਹਿ ਠਉਰ ਨ ਪਾਵਹਿ ॥ ਸੇ ਕਰਮਹੀਣ ਹਰਿ ਨਾਮੁ ਨ ਧਿਆਵਹਿ ॥੧॥ ਗੁਰ ਪੂਰੇ ਤੇ ਗਤਿ ਮਿਤਿ ਪਾਈ ॥ ਇਹੁ ਸੰਸਾਰੁ ਬਿਖੁ ਵਤ ਅਤਿ ਭਉਜਲੁ ਗੁਰ ਸਬਦੀ ਹਰਿ ਪਾਰਿ ਲੰਘਾਈ ॥੧॥ ਰਹਾਉ ॥ ਜਿਨ੍ ਕਉ ਆਪ ਲਏ ਪ੍ਰਭੁ ਮੇਲਿ ॥ ਤਿਨ ਕਉ ਕਾਲੁ ਨ ਸਾਕੈ ਪੇਲਿ ॥ ਗੁਰਮੁਖਿ ਨਿਰਮਲ ਰਹਹਿ ਪਿਆਰੇ ॥ ਜਿਉ ਜਲ ਅੰਭ ਊਪਰਿ ਕਮਲ ਨਿਰਾਰੇ ॥੨॥ ਬੁਰਾ ਭਲਾ ਕਹੁ ਕਿਸ ਨੋ ਕਹੀਐ ॥ ਦੀਸੈ ਬ੍ਰਹਮੁ ਗੁਰਮੁਖਿ ਸਚੁ ਲਹੀਐ ॥ ਅਕਥੁ ਕਥਉ ਗੁਰਮਤਿ ਵੀਚਾਰੁ ॥ ਮਿਲਿ ਗੁਰ ਸੰਗਤਿ ਪਾਵਉ ਪਾਰੁ ॥੩॥ ਸਾਸਤ ਬੇਦ ਸਿੰਮ੍ਰਿਤਿ ਬਹੁ ਭੇਦ ॥ ਅਠਸਠਿ ਮਜਨੁ ਹਰਿ ਰਸੁ ਰੇਦ ॥ ਗੁਰਮੁਖਿ ਨਿਰਮਲੁ ਮੈਲੁ ਨ ਲਾਗੈ ॥ ਨਾਨਕ ਹਿਰਦੈ ਨਾਮੁ ਵਡੇ ਧੁਰਿ ਭਾਗੈ ॥੪॥੧੫॥ ਆਸਾ ਮਹਲਾ ੧ ॥ ਨਿਵਿ ਨਿਵਿ ਪਾਇ ਲਗਉ ਗੁਰ ਅਪੁਨੇ ਆਤਮ ਰਾਮੁ ਨਿਹਾਰਿਆ ॥ ਕਰਤ ਬੀਚਾਰੁ ਹਿਰਦੈ ਹਰਿ ਰਵਿਆ ਹਿਰਦੈ ਦੇਖਿ ਬੀਚਾਰਿਆ ॥੧॥ ਬੋਲਹੁ ਰਾਮੁ ਕਰੇ ਨਿਸਤਾਰਾ ॥ ਗੁਰ ਪਰਸਾਦਿ ਰਤਨੁ ਹਰਿ ਲਾਭੈ ਮਿਟੈ ਅਗਿਆਨੁ ਹੋਇ ਉਜੀਆਰਾ ॥੧॥ ਰਹਾਉ ॥ ਰਵਨੀ ਰਵੈ ਬੰਧਨ ਨਹੀ ਤੂਟਹਿ ਵਿਚਿ ਹਉਮੈ ਭਰਮੁ ਨ ਜਾਈ ॥ ਸਤਿਗੁਰੁ ਮਿਲੈ ਤ ਹਉਮੈ ਤੂਟੈ ਤਾ ਕੋ ਲੇਖੈ ਪਾਈ ॥੨॥ ਹਰਿ ਹਰਿ ਨਾਮੁ ਭਗਤਿ ਪ੍ਰਿਅ ਪ੍ਰੀਤਮੁ ਸੁਖ ਸਾਗਰੁ ਉਰ ਧਾਰੇ ॥ ਭਗਤਿ ਵਛਲੁ ਜਗਜੀਵਨੁ ਦਾਤਾ ਮਤਿ ਗੁਰਮਤਿ ਹਰਿ ਨਿਸਤਾਰੇ ॥੩॥ ਮਨ ਸਿਉ ਜੂਝਿ ਮਰੈ ਪ੍ਰਭੁ ਪਾਏ ਮਨਸਾ ਮਨਹਿ ਸਮਾਏ ॥ ਨਾਨਕ ਕ੍ਰਿਪਾ ਕਰੇ ਜਗਜੀਵਨੁ ਸਹਜ ਭਾਇ ਲਿਵ ਲਾਏ ॥੪॥੧੬॥ ਆਸਾ ਮਹਲਾ ੧ ॥ ਕਿਸ ਕਉ

ਕਹਹਿ ਸੁਣਾਵਹਿ ਕਿਸ ਕਉ ਕਿਸੁ ਸਮਝਾਵਹਿ ਸਮਝਿ ਰਹੇ ॥ ਕਿਸੈ ਪੜਾਵਹਿ ਪੜਿ ਗੁਣਿ ਬੂਝੇ ਸਤਿਗੁਰ ਸਬਦਿ ਸੰਤੋਖਿ ਰਹੇ ॥੧॥ ਐਸਾ ਗੁਰਮਤਿ ਰਮਤੁ ਸਰੀਰਾ ॥ ਹਰਿ ਭਜੁ ਮੇਰੇ ਮਨ ਗਹਿਰ ਗੰਭੀਰਾ ॥੧॥ ਰਹਾਉ ॥ ਅਨਤ ਤਰੰਗ ਭਗਤਿ ਹਰਿ ਰੰਗਾ ॥ ਅਨਦਿਨੁ ਸੂਚੇ ਹਰਿ ਗੁਣ ਸੰਗਾ ॥ ਮਿਥਿਆ ਜਨਮੁ ਸਾਕਤ ਸੰਸਾਰਾ ॥ ਰਾਮ ਭਗਤਿ ਜਨੁ ਰਹੈ ਨਿਰਾਰਾ ॥੨॥ ਸੂਚੀ ਕਾਇਆ ਹਰਿ ਗੁਣ ਗਾਇਆ ॥ ਆਤਮੁ ਚੀਨਿ ਰਹੈ ਲਿਵ ਲਾਇਆ ॥ ਆਦਿ ਅਪਾਰੁ ਅਪਰੰਪਰੁ ਹੀਰਾ ॥ ਲਾਲਿ ਰਤਾ ਮੇਰਾ ਮਨੁ ਧੀਰਾ ॥੩॥ ਕਥਨੀ ਕਹਹਿ ਕਹਹਿ ਸੇ ਮੂਏ ॥ ਸੋ ਪ੍ਰਭੁ ਦੂਰਿ ਨਾਹੀ ਪ੍ਰਭੁ ਤੂੰ ਹੈ ॥ ਸਭੁ ਜਗੁ ਦੇਖਿਆ ਮਾਇਆ ਛਾਇਆ ॥ ਨਾਨਕ ਗੁਰਮਤਿ ਨਾਮੁ ਧਿਆਇਆ ॥੪॥੧੭॥ ਆਸਾ ਮਹਲਾ ੧ ਤਿਤੁਕਾ ॥ ਕੋਈ ਭੀਖਕੁ ਭੀਖਿਆ ਖਾਇ ॥ ਕੋਈ ਰਾਜਾ ਰਹਿਆ ਸਮਾਇ ॥ ਕਿਸ ਹੀ ਮਾਨੁ ਕਿਸੈ ਅਪਮਾਨੁ ॥ ਢਾਹਿ ਉਸਾਰੇ ਧਰੇ ਧਿਆਨੁ ॥ ਤੁਝ ਤੇ ਵਡਾ ਨਾਹੀ ਕੋਇ ॥ ਕਿਸੁ ਵੇਖਾਲੀ ਚੰਗਾ ਹੋਇ ॥੧॥ ਮੈ ਤਾਂ ਨਾਮੁ ਤੇਰਾ ਆਧਾਰੁ ॥ ਤੂੰ ਦਾਤਾ ਕਰਣਹਾਰੁ ਕਰਤਾਰੁ ॥੧॥ ਰਹਾਉ ॥ ਵਾਟ ਨ ਪਾਵਉ ਵੀਗਾ ਜਾਉ ॥ ਦਰਗਹ ਬੈਸਣ ਨਾਹੀ ਥਾਉ ॥ ਮਨ ਕਾ ਅੰਧੁਲਾ ਮਾਇਆ ਕਾ ਬੰਧੁ ॥ ਖੀਨ ਖਰਾਬੁ ਹੋਵੈ ਨਿਤ ਕੰਧੁ ॥ ਖਾਣ ਜੀਵਣ ਕੀ ਬਹੁਤੀ ਆਸ ॥ ਲੇਖੈ ਤੇਰੈ ਸਾਸ ਗਿਰਾਸ ॥੨॥ ਅਹਿਨਿਸਿ ਅੰਧੁਲੇ ਦੀਪਕੁ ਦੇਇ ॥ ਭਉਜਲ ਡੂਬਤ ਚਿੰਤ ਕਰੇਇ ॥ ਕਹਹਿ ਸੁਣਹਿ ਜੋ ਮਾਨਹਿ ਨਾਉ ॥ ਹਉ ਬਲਿਹਾਰੈ ਤਾ ਕੈ ਜਾਉ ॥ ਨਾਨਕੁ ਏਕ ਕਹੈ ਅਰਦਾਸਿ ॥ ੬ ਜੀਉ ਪਿੰਡੁ ਸਭ ਤੇਰੈ ਪਾਸਿ ॥੩॥ ਜਾਂ ਤੂੰ ਦੇਹਿ ਜਪੀ ਤੇਰਾ ਨਾਉ ॥ ਦਰਗਹ ਬੈਸਣ ਹੋਵੈ ਥਾਉ ॥ ਜਾਂ ਤੁਧੁ ਭਾਵੈ ਤਾ ਦੁਰਮਤਿ ਜਾਇ ॥ ਗਿਆਨ ਰਤਨੁ ਮਨਿ ਵਸੈ ਆਇ ॥ ਨਦਰਿ ਕਰੇ ਤਾ ਸਤਿਗੁਰੁ ਮਿਲੈ ॥ ਪ੍ਰਣਵਤਿ ਨਾਨਕੁ ਭਵਜਲੁ ਤਰੈ ॥੪॥੧੮॥ ਆਸਾ ਮਹਲਾ ੧ ਪੰਚਪਦੇ ॥ ਦੁਧ ਬਿਨੁ ਧੇਨੁ ਪੰਖ ਬਿਨੁ ਪੰਖੀ ਜਲ ਬਿਨੁ ਉਤਭੁਜ ਕਾਮਿ ਨਾਹੀ ॥ ਕਿਆ ਸੁਲਤਾਨੁ ਸਲਾਮ ਵਿਹੂਣਾ ਅੰਧੀ ਕੋਠੀ ਤੇਰਾ ਨਾਮੁ ਨਾਹੀ ॥੧॥ ਕੀ ਵਿਸਰਹਿ ਦੁਖੁ ਬਹੁਤਾ ਲਾਗੈ ॥ ਦੁਖੁ ਲਾਗੈ ਤੂੰ ਵਿਸਰੁ ਨਾਹੀ ॥੧॥ ਰਹਾਉ ॥ ਅਖੀ ਅੰਧੁ ਜੀਭ ਰਸੁ ਨਾਹੀ ਕੰਨੀ ਪਵਣੁ ਨ ਵਾਜੈ ॥ ਚਰਣੀ ਚਲੈ ਪਜੂਤਾ ਆਗੈ ਵਿਣੁ ਸੇਵਾ ਫਲ ਲਾਗੇ ॥੨॥ ਅਖਰ ਬਿਰਖ ਬਾਗ ਭੁਇ ਚੋਖੀ ਸਿੰਚਿਤ ਭਾਉ ਕਰੇਹੀ ॥ ਸਭਨਾ ਫਲੁ ਲਾਗੈ ਨਾਮੁ ਏਕੋ ਬਿਨੁ

ਕਰਮਾ ਕੈਸੇ ਲੇਹੀ ॥੩॥ ਜੇਤੇ ਜੀਅ ਤੇਤੇ ਸਭਿ ਤੇਰੇ ਵਿਣੁ ਸੇਵਾ ਫਲੁ ਕਿਸੈ ਨਾਹੀ ॥ ਦੁਖੁ ਸੁਖੁ ਭਾਣਾ ਤੇਰਾ ਹੋਵੈ ਵਿਣੁ ਨਾਵੈ ਜੀਉ ਰਹੈ ਨਾਹੀ ॥ ਮਤਿ ਵਿਚਿ ਮਰਣੁ ਜੀਵਣੁ ਹੋਰੁ ਕੈਸਾ ਜਾ ਜੀਵਾ ਤਾਂ ਜੁਗਤਿ ਨਾਹੀ ॥ ਕਹੈ ਨਾਨਕੁ ਜੀਵਾਲੇ ਜੀਆ ਜਹ ਭਾਵੈ ਤਹ ਰਾਖੁ ਤੁਹੀ ॥੫॥੧੯॥ ਆਸਾ ਮਹਲਾ ੧ ॥ ਕਾਇਆ ਬ੍ਰਹਮਾ ਮਨੁ ਹੈ ਧੋਤੀ ॥ ਗਿਆਨੁ ਜਨੇਊ ਧਿਆਨੁ ਕੁਸਪਾਤੀ ॥ ਹਰਿ ਨਾਮਾ ਜਸੁ ਜਾਚਉ ਨਾਉ ॥ ਗੁਰ ਪਰਸਾਦੀ ਬ੍ਰਹਮਿ ਸਮਾਉ ॥੧॥ ਪਾਂਡੇ ਐਸਾ ਬ੍ਰਹਮ ਬੀਚਾਰੁ ॥ ਨਾਮੇ ਸੁਚਿ ਨਾਮੋ ਪੜਉ ਨਾਮੇ ਚਜੁ ਆਚਾਰੁ ॥੧॥ ਰਹਾਉ ॥ ਬਾਹਰਿ ਜਨੇਊ ਜਿਚਰੁ ਜੋਤਿ ਹੈ ਨਾਲਿ ॥ ਧੋਤੀ ਟਿਕਾ ਨਾਮੁ ਸਮਾਲਿ ॥ ਐਥੈ ਓਥੈ ਨਿਬਹੀ ਨਾਲਿ ॥ ਵਿਣੁ ਨਾਵੈ ਹੋਰਿ ਕਰਮ ਨ ਭਾਲਿ ॥੨॥ ਪੂਜਾ ਪ੍ਰੇਮ ਮਾਇਆ ਪਰਜਾਲਿ ॥ ਏਕੋ ਵੇਖਹੁ ਅਵਰੁ ਨ ਭਾਲਿ ॥ ਚੀਨ੍ਹੈ ਤਤੁ ਗਗਨ ਦਸ ਦੁਆਰ ॥ ਹਰਿ ਮੁਖਿ ਪਾਠ ਪੜੈ ਬੀਚਾਰ ॥੩॥ ਭੋਜਨੁ ਭਾਉ ਭਰਮੁ ਭਉ ਭਾਗੈ ॥ ਪਾਹਰੂਅਰਾ ਛਬਿ ਚੋਰੁ ਨ ਲਾਗੈ ॥ ਤਿਲਕੁ ਲਿਲਾਟਿ ਜਾਣੈ ਪ੍ਰਭੁ ਏਕੁ ॥ ਬੂਝੈ ਬ੍ਰਹਮੁ ਅੰਤਰਿ ਬਿਬੇਕੁ ॥੪॥ ਆਚਾਰੀ ਨਹੀ ਜੀਤਿਆ ਜਾਇ ॥ ਪਾਠ ਪੜੈ ਨਹੀ ਕੀਮਤਿ ਪਾਇ ॥ ਅਸਟ ਦਸੀ ਚਹੁ ਭੇਦੁ ਨ ਪਾਇਆ ॥ ਨਾਨਕ ਸਤਿਗੁਰਿ ਬ੍ਰਹਮੁ ਦਿਖਾਇਆ ॥੫॥੨੦॥ ਆਸਾ ਮਹਲਾ ੧ ॥ ਸੇਵਕੁ ਦਾਸੁ ਭਗਤੁ ਜਨੁ ਸੋਈ ॥ ਠਾਕੁਰ ਕਾ ਦਾਸੁ ਗੁਰਮੁਖਿ ਹੋਈ ॥ ਜਿਨਿ ਸਿਰਿ ਸਾਜੀ ਤਿਨਿ ਫੁਨਿ ਗੋਈ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਈ ॥੧॥ ਸਾਚੁ ਨਾਮੁ ਗੁਰ ਸਬਦਿ ਵੀਚਾਰਿ ॥ ਗੁਰਮੁਖਿ ਸਾਚੇ ਸਾਚੈ ਦਰਬਾਰਿ ॥੧॥ ਰਹਾਉ ॥ ਸਚਾ ਅਰਜੁ ਸਚੀ ਅਰਦਾਸਿ ॥ ਮਹਲੀ ਖਸਮੁ ਸੁਣੇ ਸਾਬਾਸਿ ॥ ਸਚੈ ਤਖਤਿ ਬੁਲਾਵੈ ਸੋਇ ॥ ਦੇ ਵਡਿਆਈ ਕਰੇ ਸੁ ਹੋਇ ॥੨॥ ਤੇਰਾ ਤਾਣੁ ਤੂਹੈ ਦੀਬਾਣੁ ॥ ਗੁਰ ਕਾ ਸਬਦੁ ਸਚੁ ਨੀਸਾਣੁ ॥ ਮੰਨੇ ਹੁਕਮੁ ਸੁ ਪਰਗਟੁ ਜਾਇ ॥ ਸਚੁ ਨੀਸਾਣੈ ਠਾਕ ਨ ਪਾਇ ॥੩॥ ਪੰਡਿਤ ਪੜਹਿ ਵਖਾਣਹਿ ਵੇਦੁ ॥ ਅੰਤਰਿ ਵਸਤੁ ਨ ਜਾਣਹਿ ਭੇਦੁ ॥ ਗੁਰ ਬਿਨੁ ਸੋਝੀ ਬੂਝ ਨ ਹੋਇ ॥ ਸਾਚਾ ਰਵਿ ਰਹਿਆ ਪ੍ਰਭੁ ਸੋਇ ॥੪॥ ਕਿਆ ਹਉ ਆਖਾ ਆਖਿ ਵਖਾਣੀ ॥ ਤੂੰ ਆਪੇ ਜਾਣਹਿ ਸਰਬ ਵਿਡਾਣੀ ॥ ਨਾਨਕ ਏਕੋ ਦਰੁ ਦੀਬਾਣੁ ॥ ਗੁਰਮੁਖਿ ਸਾਚੁ ਤਹਾ ਗੁਦਰਾਣੁ ॥੫॥੨੧॥ ਆਸਾ ਮਹਲਾ ੧ ॥ ਕਾਚੀ ਗਾਗਰਿ ਦੇਹ ਦੁਹੇਲੀ ਉਪਜੈ ਬਿਨਸੈ ਦੁਖੁ ਪਾਈ ॥ ਇਹੁ ਜਗੁ ਸਾਗਰੁ ਦੁਤਰੁ ਕਿਉ ਤਰੀਐ ਬਿਨੁ ਹਰਿ ਗੁਰ ਪਾਰਿ ਨ ਪਾਈ

॥੧॥ ਤੁਝ ਬਿਨੁ ਅਵਰੁ ਨ ਕੋਈ ਮੇਰੇ ਪਿਆਰੇ ਤੁਝ ਬਿਨੁ ਅਵਰੁ ਨ ਕੋਇ ਹਰੇ ॥ ਸਰਬੀ ਰੰਗੀ ਰੂਪੀ ਤੂੰਹੈ ਤਿਸੁ ਬਖਸੇ ਜਿਸੁ ਨਦਰਿ ਕਰੇ ॥੧॥ ਰਹਾਉ ॥ ਸਾਸੁ ਬੁਰੀ ਘਰਿ ਵਾਸੁ ਨ ਦੇਵੈ ਪਿਰ ਸਿਉ ਮਿਲਣ ਨ ਦੇਇ ਬੁਰੀ ॥ ਸਖੀ ਸਾਜਨੀ ਕੇ ਹਉ ਚਰਨ ਸਰੇਵਉ ਹਰਿ ਗੁਰ ਕਿਰਪਾ ਤੇ ਨਦਰਿ ਧਰੀ ॥੨॥ ਆਪੁ ਬੀਚਾਰਿ ਮਾਰਿ ਮਨੁ ਦੇਖਿਆ ਤੁਮ ਸਾ ਮੀਤੁ ਨ ਅਵਰੁ ਕੋਈ ॥ ਜਿਉ ਤੂੰ ਰਾਖਹਿ ਤਿਵ ਹੀ ਰਹਣਾ ਦੁਖੁ ਸੁਖੁ ਦੇਵਹਿ ਕਰਹਿ ਸੋਈ ॥੩॥ ਆਸਾ ਮਨਸਾ ਦੋਊ ਬਿਨਾਸਤ ਤ੍ਰਿਹੁ ਗੁਣ ਆਸ ਨਿਰਾਸ ਭਈ ॥ ਤੁਰੀਆਵਸਥਾ ਗੁਰਮੁਖਿ ਪਾਈਐ ਸੰਤ ਸਭਾ ਕੀ ਓਟ ਲਹੀ ॥੪॥ ਗਿਆਨ ਧਿਆਨ ਸਗਲੇ ਸਭਿ ਜਪ ਤਪ ਜਿਸੁ ਹਰਿ ਹਿਰਦੈ ਅਲਖ ਅਭੇਵਾ ॥ ਨਾਨਕ ਰਾਮ ਨਾਮਿ ਮਨੁ ੨ ਰਾਤਾ ਗੁਰਮਤਿ ਪਾਏ ਸਹਜ ਸੇਵਾ ॥੫॥੨੨॥ ਆਸਾ ਮਹਲਾ ੧ ਪੰਚਪਦੇ ॥ ਮੋਹੁ ਕੁਟੰਬੁ ਮੋਹੁ ਸਭ ਕਾਰ ॥ ਮੋਹੁ ਤੁਮ ਤਜਹੁ ਸਗਲ ਵੇਕਾਰ ॥੧॥ ਮੋਹੁ ਅਰੁ ਭਰਮੁ ਤਜਹੁ ਤੁਮ੍ ਬੀਰ ॥ ਸਾਚੁ ਨਾਮੁ ਰਿਦੇ ਰਵੈ ਸਰੀਰ ॥੧॥ ਰਹਾਉ ॥ ਸਚੁ ਨਾਮੁ ਜਾ ਨਵ ਨਿਧਿ ਪਾਈ ॥ ਰੋਵੈ ਪੂਤੁ ਨ ਕਲਪੈ ਮਾਈ ॥੨॥ ਏਤੁ ਮੋਹਿ ਡੂਬਾ ਸੰਸਾਰੁ ॥ ਗੁਰਮੁਖਿ ਕੋਈ ਉਤਰੈ ਪਾਰ ॥੩॥ ਏਤੁ ਮੋਹਿ ਫਿਰਿ ਜੂਨੀ ਪਾਹਿ ॥ ਮੋਹੇ ਲਾਗਾ ਜਮ ਪੁਰਿ ਜਾਹਿ ॥੪॥ ਗੁਰ ਦੀਖਿਆ ਲੇ ਜਪੁ ਤਪੁ ਕਮਾਹਿ ॥ ਨਾ ਮੋਹੁ ਤੂਟੈ ਨਾ ਥਾਇ ਪਾਹਿ ॥੫॥ ਨਦਰਿ ਕਰੇ ਤਾ ਏਹੁ ਮੋਹੁ ਜਾਇ ॥ ਨਾਨਕ ਹਰਿ ਸਿਉ ਰਹੈ ਸਮਾਇ ॥੬॥੨੩॥ ਆਸਾ ਮਹਲਾ ੧ ॥ ਆਪਿ ਕਰੇ ਸਚੁ ਅਲਖ ਅਪਾਰੁ ॥ ਹਉ ਪਾਪੀ ਤੂੰ ਬਖਸਣਹਾਰੁ ॥੧॥ ਤੇਰਾ ਭਾਣਾ ਸਭੁ ਕਿਛੁ ਹੋਵੈ ॥ ਮਨਹਠਿ ਕੀਚੈ ਅੰਤਿ ਵਿਗੋਵੈ ॥੧॥ ਰਹਾਉ ॥ ਮਨਮੁਖ ਕੀ ਮਤਿ ਕੂੜਿ ਵਿਆਪੀ ॥ ਬਿਨੁ ਹਰਿ ਸਿਮਰਣ ਪਾਪਿ ਸੰਤਾਪੀ ॥੨॥ ਦੁਰਮਤਿ ਤਿਆਗਿ ਲਾਹਾ ਕਿਛੁ ਲੇਵਹੁ ॥ ਜੋ ਉਪਜੈ ਸੋ ਅਲਖ ਅਭੇਵਹੁ ॥ ਐਸਾ ਹਮਰਾ ਸਖਾ ਸਹਾਈ ॥ ਗੁਰ ਹਰਿ ਮਿਲਿਆ ਭਗਤਿ ਦ੍ਰਿੜਾਈ ॥੪॥ ਸਗਲੀ ਸਉਦੀ ਤੋਟਾ ਆਵੈ ॥ ਨਾਨਕ ਰਾਮ ਨਾਮੁ ਮਨਿ ਭਾਵੈ ॥੫॥੨੪॥ ਆਸਾ ਮਹਲਾ ੧ ਚਉਪਦੇ ॥ ਵਿਦਿਆ ਵੀਚਾਰੀ ਤਾਂ ਪਰਉਪਕਾਰੀ ॥ ਜਾਂ ਪੰਚ ਰਾਸੀ ਤਾਂ ਤੀਰਥ ਵਾਸੀ ॥੧॥ ਘੁੰਘਰੂ ਵਾਜੈ ਜੇ ਮਨੁ ਲਾਗੈ ॥ ਤਉ ਜਮੁ ਕਹਾ ਕਰੇ ਮੋ ਸਿਉ ਆਗੈ ॥੧॥ ਰਹਾਉ ॥ ਆਸ ਨਿਰਾਸੀ ਤਉ ਸੰਨਿਆਸੀ ॥ ਜਾਂ ਜਤੁ ਜੋਗੀ ਤਾਂ ਕਾਇਆ ਭੋਗੀ ॥੨॥ ਦਇਆ ਦਿਗੰਬਰੁ ਦੇਹ ਬੀਚਾਰੀ ॥ ਆਪਿ

ਮਰੈ ਅਵਰਾ ਨਹ ਮਾਰੀ ॥੩॥ ਏਕੁ ਤੂ ਹੋਰਿ ਵੇਸ ਬਹੁਤੇਰੇ ॥ ਨਾਨਕੁ ਜਾਣੈ ਚੋਜ ਨ ਤੇਰੇ ॥੪॥੨੪॥ ਆਸਾ ਮਹਲਾ ੧ ॥ ਏਕ ਨ ਭਰੀਆ ਗੁਣ ਕਰਿ ਧੋਵਾ ॥ ਮੇਰਾ ਸਹੁ ਜਾਗੈ ਹਉ ਨਿਸਿ ਭਰਿ ਸੋਵਾ ॥੧॥ ਇਉ ਕਿਉ ਕੰਤ ਪਿਆਰੀ ਹੋਵਾ ॥ ਸਹੁ ਜਾਗੈ ਹਉ ਨਿਸ ਭਰਿ ਸੋਵਾ ॥੧॥ ਰਹਾਉ ॥ ਆਸ ਪਿਆਸੀ ਸੇਜੈ ਆਵਾ ॥ ਆਗੈ ਸਹ ਭਾਵਾ ਕਿ ਨ ਭਾਵਾ ॥੨॥ ਕਿਆ ਜਾਨਾ ਕਿਆ ਹੋਇਗਾ ਰੀ ਮਾਈ ॥ ਹਰਿ ਦਰਸਨ ਬਿਨੁ ਰਹਨੁ ਨ ਜਾਈ ॥੧॥ ਰਹਾਉ ॥ ਪ੍ਰੇਮੁ ਨ ਚਾਖਿਆ ਮੇਰੀ ਤਿਸ ਨ ਬੁਝਾਨੀ ॥ ਗਇਆ ਸੁ ਜੋਬਨੁ ਧਨ ਪਛੁਤਾਨੀ ॥੩॥ ਅਜੈ ਸੁ ਜਾਗਉ ਆਸ ਪਿਆਸੀ ॥ ਭਈਲੇ ਉਦਾਸੀ ਰਹਉ ਨਿਰਾਸੀ ॥੧॥ ਰਹਾਉ ॥ ਹਉਮੈ ਖੋਇ ਕਰੇ ਸੀਗਾਰੁ ॥ ਤਉ ਕਾਮਣਿ ਸੇਜੈ ਰਵੈ ਭਤਾਰੁ ॥੪॥ ਤਉ ਨਾਨਕ ਕੰਤੈ ਮਨਿ ਭਾਵੈ ॥ ਛੋਡਿ ਵਡਾਈ ਅਪਣੇ ਖਸਮ ਸਮਾਵੈ ॥੧॥ ਰਹਾਉ ॥੨੬॥ ਆਸਾ ਮਹਲਾ ੧ ॥ ਪੇਵਕੜੈ ਧਨ ਖਰੀ ਇਆਣੀ ॥ ਤਿਸੁ ਸਹ ਕੀ ਮੈ ਸਾਰ ਨ ਜਾਣੀ ॥੧॥ ਸਹੁ ਮੇਰਾ ਏਕੁ ਦੂਜਾ ਨਹੀ ਕੋਈ ॥ ਨਦਰਿ ਕਰੇ ਮੇਲਾਵਾ ਹੋਈ ॥੧॥ ਰਹਾਉ ॥ ਸਾਹੁਰੜੈ ਧਨ ਸਾਚੁ ਪਛਾਣਿਆ ॥ ਸਹਜਿ ਸੁਭਾਇ ਅਪਣਾ ਪਿਰੁ ਜਾਣਿਆ ॥੨॥ ਗੁਰ ਪਰਸਾਦੀ ਐਸੀ ਮਤਿ ਆਵੈ ॥ ਤਾਂ ਕਾਮਣਿ ਕੰਤੈ ਮਨਿ ਭਾਵੈ ॥੩॥ ਕਹਤੁ ਨਾਨਕੁ ਭੈ ਭਾਵ ਕਾ ਕਰੇ ਸੀਗਾਰੁ ॥ ਸਦ ਹੀ ਸੇਜੈ ਰਵੈ ਭਤਾਰੁ ॥੪॥੨੭॥

ਆਸਾ ਮਹਲਾ ੧ ॥ ਨ ਕਿਸ ਕਾ ਪੂਤੁ ਨ ਕਿਸ ਕੀ ਮਾਈ ॥ ਝੂਠੈ ਮੋਹਿ ਭਰਮਿ ਭੁਲਾਈ ॥੧॥ ਮੇਰੇ ਸਾਹਿਬ ਹਉ ਕੀਤਾ ਤੇਰਾ ॥ ਜਾਂ ਤੂੰ ਦੇਹਿ ਜਪੀ ਨਾਉ ਤੇਰਾ ॥੧॥ ਰਹਾਉ ॥ ਬਹੁਤੇ ਅਉਗਣ ਕੂਕੈ ਕੋਈ ॥ ਜਾ ਤਿਸੁ ਭਾਵੈ ਬਖਸੇ ਸੋਈ ॥੨॥ ਗੁਰ ਪਰਸਾਦੀ ਦੁਰਮਤਿ ਖੋਈ ॥ ਜਹ ਦੇਖਾ ਤਹ ਏਕੋ ਸੋਈ ॥੩॥ ਕਹਤ ਨਾਨਕ ਐਸੀ ਮਤਿ ਆਵੈ ॥ ਤਾਂ ਕੋ ਸਚੇ ਸਚਿ ਸਮਾਵੈ ॥੪॥੨੮॥ ਆਸਾ ਮਹਲਾ ੧ ਦੁਪਦੇ ॥ ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ੍ ਕੀ ਸਰਣਾ ਜਿਨ੍ ਤੂੰ ਨਾਹੀ ਵੀਸਰਿਆ ॥੨॥੨੯॥ ਆਸਾ ਮਹਲਾ

੧ ॥ ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰ ਗੁਰੁ ਏਕੋ ਵੇਸ ਅਨੇਕ ॥੧॥ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਹਿ ॥੧॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਭਇਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥੨॥੩●॥

ੴ ☬ ਸਤਿਗੁਰ ਪ੍ਰਸਾਦਿ ॥ ਆਸਾ ਘਰੁ ੩ ਮਹਲਾ ੧ ॥ ਲਖ ਲਸਕਰ ਲਖ ਵਾਜੇ ਨੇਜੇ ਲਖ ਉਠਿ ਕਰਹਿ ਸਲਾਮੁ ॥ ਲਖਾ ਉਪਰਿ ਫੁਰਮਾਇਸਿ ਤੇਰੀ ਲਖ ਉਠਿ ਰਾਖਹਿ ਮਾਨੁ ॥ ਜਾਂ ਪਤਿ ਲੇਖੈ ਨਾ ਪਵੈ ਤਾਂ ਸਭਿ ਨਿਰਾਫਲ ਕਾਮ ॥੧॥ ਹਰਿ ਕੇ ਨਾਮ ਬਿਨਾ ਜਗੁ ਧੰਧਾ ॥ ਜੇ ਬਹੁਤਾ ਸਮਝਾਈਐ ਭੋਲਾ ਭੀ ਸੋ ਅੰਧੋ ਅੰਧਾ ॥੧॥ ਰਹਾਉ ॥ ਲਖ ਖਟੀਅਹਿ ਲਖ ਸੰਜੀਅਹਿ ਖਾਜਹਿ ਲਖ ਆਵਹਿ ਲਖ ਜਾਹਿ ॥ ਜਾਂ ਪਤਿ ਲੇਖੈ ਨਾ ਪਵੈ ਤਾਂ ਜੀਅ ਕਿਥੈ ਫਿਰਿ ਪਾਹਿ ॥੨॥ ਲਖ ਸਾਸਤ ਸਮਝਾਵਣੀ ਲਖ ਪੰਡਿਤ ਪੜਹਿ ਪੁਰਾਣ ॥ ਜਾਂ ਪਤਿ ਲੇਖੈ ਨਾ ਪਵੈ ਤਾਂ ਸਭੇ ਕੁਪਰਵਾਣ ॥੩॥ ਸਚ ਨਾਮਿ ਪਤਿ ਊਪਜੈ ਕਰਮਿ ਨਾਮੁ ਕਰਤਾਰੁ ॥ ਅਹਿਨਿਸਿ ਹਿਰਦੈ ਜੇ ਵਸੈ ਨਾਨਕ ਨਦਰੀ ਪਾਰੁ ॥੪॥੧॥੩੧॥ ਆਸਾ ਮਹਲਾ ੧ ॥ ਦੀਵਾ ਮੇਰਾ ਏਕੁ ਨਾਮੁ ਦੁਖੁ ਵਿਚਿ ਪਾਇਆ ਤੇਲੁ ॥ ਉਨਿ ਚਾਨਣਿ ਓਹੁ ਸੋਖਿਆ ਚੂਕਾ ਜਮ ਸਿਉ ਮੇਲੁ ॥੧॥ ਲੋਕਾ ਮਤ ਕੋ ਫਕੜਿ ਪਾਇ ॥ ਲਖ ਮੜਿਆ ਕਰਿ ਏਕਠੇ ਏਕ ਰਤੀ ਲੇ ਭਾਹਿ ॥੧॥ ਰਹਾਉ ॥ ਪਿੰਡੁ ਪਤਲਿ ਮੇਰੀ ਕੇਸਉ ਕਿਰਿਆ ਸਚੁ ਨਾਮੁ ਕਰਤਾਰੁ ॥ ਐਥੈ ਓਥੈ ਆਗੈ ਪਾਛੈ ਏਹੁ ਮੇਰਾ ਆਧਾਰੁ ॥੨॥ ਗੰਗ ਬਨਾਰਸਿ ਸਿਫਤਿ ਤੁਮਾਰੀ ਨਾਵੈ ਆਤਮ ਰਾਉ ॥ ਸਚਾ ਨਾਵਣੁ ਤਾਂ ਥੀਐ ਜਾਂ ਅਹਿਨਿਸਿ ਲਾਗੈ ਭਾਉ ॥੩॥ ਇਕ ਲੋਕੀ ਹੋਰੁ ਛਮਿਛਰੀ ਬ੍ਰਾਹਮਣੁ ਵਟਿ ਪਿੰਡੁ ਖਾਇ ॥ ਨਾਨਕ ਪਿੰਡੁ ਬਖਸੀਸ ਕਾ ਕਬਹੂੰ ਨਿਖੂਟਸਿ ਨਾਹਿ ॥੪॥੨॥੩੨॥

ਆਸਾ ਘਰੁ ੪ ਮਹਲਾ ੧

ੴ ☬ ਸਤਿਗੁਰ ਪ੍ਰਸਾਦਿ ॥ ਦੇਵਤਿਆ ਦਰਸਨ ਕੈ ਤਾਈ ਦੂਖ ਭੂਖ ਤੀਰਥ ਕੀਏ ॥ ਜੋਗੀ ਜਤੀ ਜੁਗਤਿ ਮਹਿ ਰਹਤੇ ਕਰਿ ਕਰਿ ਭਗਵੇ ਭੇਖ ਭਏ ॥੧॥ ਤਉ ਕਾਰਣਿ ਸਾਹਿਬਾ ਰੰਗਿ ਰਤੇ ॥ ਤੇਰੇ ਨਾਮ ਅਨੇਕਾ ਰੂਪ ਅਨੰਤਾ ਕਹਣੁ ਨ ਜਾਹੀ ਤੇਰੇ ਗੁਣ ਕੇਤੇ ॥੧॥ ਰਹਾਉ ॥ ਦਰ ਘਰ ਮਹਲਾ ਹਸਤੀ ਘੋੜੇ ਛੋਡਿ ਵਿਲਾਇਤਿ ਦੇਸ ਗਏ ॥ ਪੀਰ ਪੇਕਾਂਬਰ ਸਾਲਿਕ ਸਾਦਿਕ ਛੋਡੀ ਦੁਨੀਆ ਥਾਇ ਪਏ ॥੨॥ ਸਾਦ ਸਹਜ ਸੁਖ ਰਸ ਕਸ ਤਜੀਅਲੇ ਕਾਪੜ ਛੋਡੇ ਚਮੜ ਲੀਏ ॥ ਦੁਖੀਏ ਦਰਦਵੰਦ ਦਰਿ ਤੇਰੈ ਨਾਮਿ ਰਤੇ ਦਰਵੇਸ ਭਏ ॥੩॥ ਖਲੜੀ ਖਪਰੀ ਲਕੜੀ ਚਮੜੀ ਸਿਖਾ ਸੂਤੁ ਧੋਤੀ ਕੀਨ੍ਹ੍ਹੀ ॥ ਤੂੰ ਸਾਹਿਬੁ ਹਉ ਸਾਂਗੀ ਤੇਰਾ ਪ੍ਰਣਵੈ ਨਾਨਕੁ ਜਾਤਿ ਕੈਸੀ ॥੪॥੧॥੩੩॥

ਆਸਾ ਘਰੁ ੫ ਮਹਲਾ ੧

ੴ ☬ ਸਤਿਗੁਰ ਪ੍ਰਸਾਦਿ ॥ ਭੀਤਰਿ ਪੰਚ ਗੁਪਤ ਮਨਿ ਵਾਸੇ ॥ ਥਿਰੁ ਨ ਰਹਹਿ ਜੈਸੇ ਭਵਹਿ ਉਦਾਸੇ ॥੧॥ ਮਨੁ ਮੇਰਾ ਦਇਆਲ ਸੇਤੀ ਥਿਰੁ ਨ ਰਹੈ ॥ ਲੋਭੀ ਕਪਟੀ ਪਾਪੀ ਪਾਖੰਡੀ ਮਾਇਆ ਅਧਿਕ ਲਗੈ ॥੧॥ ਰਹਾਉ ॥ ਫੂਲ ਮਾਲਾ ਗਲਿ ਪਹਿਰਉਗੀ ਹਾਰੋ ॥ ਮਿਲੈਗਾ ਪ੍ਰੀਤਮੁ ਤਬ ਕਰਉਗੀ ਸੀਗਾਰੋ ॥੨॥ ਪੰਚ ਸਖੀ ਹਮ ਏਕੁ ਭਤਾਰੋ ॥ ਪੇਡਿ ਲਗੀ ਹੈ ਜੀਅੜਾ ਚਾਲਣਹਾਰੋ ॥੩॥ ਪੰਚ ਸਖੀ ਮਿਲਿ ਰੁਦਨੁ ਕਰੇਹਾ ॥ ਸਾਹੁ ਪਜੂਤਾ ਪ੍ਰਣਵਤਿ ਨਾਨਕ ਲੇਖਾ ਦੇਹਾ ॥੪॥੧॥੩੪॥

ੴ ☬ ਸਤਿਗੁਰ ਪ੍ਰਸਾਦਿ ॥

ਆਸਾ ਘਰੁ ੬ ਮਹਲਾ ੧ ॥ ਮਨੁ ਮੋਤੀ ਜੇ ਗਹਣਾ ਹੋਵੈ ਪਉਣੁ ਹੋਵੈ ਸੂਤ ਧਾਰੀ ॥ ਖਿਮਾ ਸੀਗਾਰੁ ਕਾਮਣਿ ਤਨਿ ਪਹਿਰੈ ਰਾਵੈ ਲਾਲ ਪਿਆਰੀ ॥੧॥ ਲਾਲ ਬਹੁ ਗੁਣਿ ਕਾਮਣਿ ਮੋਹੀ ॥ ਤੇਰੇ ਗੁਣ ਹੋਹਿ ਨ ਅਵਰੀ ॥੧॥ ਰਹਾਉ ॥ ਹਰਿ ਹਰਿ ਹਾਰੁ ਕੰਠਿ ਲੇ ਪਹਿਰੈ ਦਾਮੋਦਰੁ ਦੰਤੁ ਲੇਈ ॥ ਕਰ ਕਰਿ ਕਰਤਾ ਕੰਗਨ ਪਹਿਰੈ ਇਨ ਬਿਧਿ ਚਿਤੁ ਧਰੇਈ ॥੨॥ ਮਧੁਸੂਦਨੁ ਕਰ ਮੁੰਦਰੀ ਪਹਿਰੈ ਪਰਮੇਸਰੁ

ਪਟੁ ਲੇਈ ॥ ਧੀਰਜੁ ਧੜੀ ਬੰਧਾਵੈ ਕਾਮਣਿ ਸ੍ਰੀਰੰਗੁ ਸੁਰਮਾ ਦੇਈ ॥੩॥ ਮਨ ਮੰਦਰਿ ਜੇ ਦੀਪਕੁ ਜਾਲੇ ਕਾਇਆ ਸੇਜ ਕਰੇਈ ॥ ਗਿਆਨ ਰਾਉ ਜਬ ਸੇਜੈ ਆਵੈ ਤ ਨਾਨਕ ਭੋਗੁ ਕਰੇਈ ॥੪॥੧॥੩੫॥ ਆਸਾ ਮਹਲਾ ੧ ॥ ਕੀਤਾ ਹੋਵੈ ਕਰੇ ਕਰਾਇਆ ਤਿਸੁ ਕਿਆ ਕਹੀਐ ਭਾਈ ॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਕੀਤੇ ਕਿਆ ਚਤੁਰਾਈ ॥੧॥ ਤੇਰਾ ਹੁਕਮੁ ਭਲਾ ਤੁਧੁ ਭਾਵੈ ॥ ਨਾਨਕ ਤਾ ਕਉ ਮਿਲੈ ਵਡਾਈ ਸਾਚੇ ਨਾਮਿ ਸਮਾਵੈ ॥੧॥ ਰਹਾਉ ॥ ਕਿਰਤੁ ਪਇਆ ਪਰਵਾਣਾ ਲਿਖਿਆ ਬਾਹੁੜਿ ਹੁਕਮੁ ਨ ਹੋਈ ॥ ਜੈਸਾ ਲਿਖਿਆ ਤੈਸਾ ਪੜਿਆ ਮੇਟਿ ਨ ਸਕੈ ਕੋਈ ॥੨॥ ਜੇ ਕੋ ਦਰਗਹ ਬਹੁਤਾ ਬੋਲੈ ਨਾਉ ਪਵੈ ਬਾਜਾਰੀ ॥ ਸਤਰੰਜ ਬਾਜੀ ਪਕੈ ਨਾਹੀ ਕਚੀ ਆਵੈ ਸਾਰੀ ॥੩॥ ਨਾ ਕੋ ਪੜਿਆ ਪੰਡਿਤੁ ਬੀਨਾ ਨਾ ਕੋ ਮੂਰਖੁ ਮੰਦਾ ॥ ਬੰਦੀ ਅੰਦਰਿ ਸਿਫਤਿ ਕਰਾਏ ਤਾ ਕਉ ਕਹੀਐ ਬੰਦਾ ॥੪॥੨॥੩੬॥ ਆਸਾ ਮਹਲਾ ੧ ॥ ਗੁਰ ਕਾ ਸਬਦੁ ਮਨੈ ਮਹਿ ਮੁੰਦ੍ਰਾ ਖਿੰਥਾ ਖਿਮਾ ਹਢਾਵਉ ॥ ਜੋ ਕਿਛੁ ਕਰੈ ਭਲਾ ਕਰਿ ਮਾਨਉ ਸਹਜ ਜੋਗ ਨਿਧਿ ਪਾਵਉ ॥੧॥ ਬਾਬਾ ਜੁਗਤਾ ਜੀਉ ਜੁਗਹ ਜੁਗ ਜੋਗੀ ਪਰਮ ਤੰਤ ਮਹਿ ਜੋਗੰ ॥ ਅੰਮ੍ਰਿਤੁ ਨਾਮੁ ਨਿਰੰਜਨ ਪਾਇਆ ਗਿਆਨ ਕਾਇਆ ਰਸ ਭੋਗੰ ॥੧॥ ਰਹਾਉ ॥ ਸਿਵ ਨਗਰੀ ਮਹਿ ਆਸਣਿ ਬੈਸਉ ਕਲਪ ਤਿਆਗੀ ਬਾਦੰ ॥ ਸਿੰਙੀ ਸਬਦੁ ਸਦਾ ਧੁਨਿ ਸੋਹੈ ਅਹਿਨਿਸਿ ਪੂਰੈ ਨਾਦੰ ॥੨॥ ਪਤੁ ਵੀਚਾਰੁ ਗਿਆਨ ਮਤਿ ਡੰਡਾ ਵਰਤਮਾਨ ਬਿਭੂਤੰ ॥ ਹਰਿ ਕੀਰਤਿ ਰਹਰਾਸਿ ਹਮਾਰੀ ਗੁਰਮੁਖਿ ਪੰਥੁ ਅਤੀਤੰ ॥੩॥ ਸਗਲੀ ਜੋਤਿ ਹਮਾਰੀ ਸੰਮਿਆ ਨਾਨਾ ਵਰਨ ਅਨੇਕੰ ॥ ਕਹੁ ਨਾਨਕ ਸੁਣਿ ਭਰਥਰਿ ਜੋਗੀ ਪਾਰਬ੍ਰਹਮ ਲਿਵ ਏਕੰ ॥੪॥੩॥੩੭॥ ਆਸਾ ਮਹਲਾ ੧ ॥ ਗੁੜੁ ਕਰਿ ਗਿਆਨੁ ਧਿਆਨੁ ਕਰਿ ਧਾਵੈ ਕਰਿ ਕਰਣੀ ਕਸੁ ਪਾਈਐ ॥ ਭਾਠੀ ਭਵਨੁ ਪ੍ਰੇਮ ਕਾ ਪੋਚਾ ਇਤੁ ਰਸਿ ਅਮਿਉ ਚੁਆਈਐ ॥੧॥ ਬਾਬਾ ਮਨੁ ਮਤਵਾਰੋ ਨਾਮ ਰਸੁ ਪੀਵੈ ਸਹਜ ਰੰਗ ਰਚਿ ਰਹਿਆ ॥ ਅਹਿਨਿਸਿ ਬਨੀ ਪ੍ਰੇਮ ਲਿਵ ਲਾਗੀ ਸਬਦੁ ਅਨਾਹਦ ਗਹਿਆ ॥੧॥ ਰਹਾਉ ॥ ਪੂਰਾ ਸਾਚੁ ਪਿਆਲਾ ਸਹਜੇ ਤਿਸਹਿ ਪੀਆਏ ਜਾ ਕਉ ਨਦਰਿ ਕਰੇ ॥ ਅੰਮ੍ਰਿਤ ਕਾ ਵਾਪਾਰੀ ਹੋਵੈ ਕਿਆ ਮਦਿ ਛੂਛੈ ਭਾਉ ਧਰੇ ॥੨॥ ਗੁਰ ਕੀ ਸਾਖੀ ਅੰਮ੍ਰਿਤ ਬਾਣੀ ਪੀਵਤ ਹੀ ਪਰਵਾਣੁ ਭਇਆ ॥ ਦਰ ਦਰਸਨ ਕਾ ਪ੍ਰੀਤਮੁ ਹੋਵੈ ਮੁਕਤਿ ਬੈਕੁੰਠੈ ਕਰੈ ਕਿਆ ॥੩॥ ਸਿਫਤੀ ਰਤਾ ਸਦ ਬੈਰਾਗੀ ਜੂਐ ਜਨਮੁ ਨ ਹਾਰੈ ॥ ਕਹੁ ਨਾਨਕ ਸੁਣਿ ਭਰਥਰਿ

ਜੋਗੀ ਖੀਵਾ ਅੰਮ੍ਰਿਤ ਧਾਰੈ ॥੪॥੪॥੩੮॥ ਆਸਾ ਮਹਲਾ ੧ ॥ ਖੁਰਾਸਾਨ ਖਸਮਾਨਾ ਕੀਆ ਹਿੰਦੁਸਤਾਨੁ ਡਰਾਇਆ ॥ ਆਪੈ ਦੋਸੁ ਨ ਦੇਈ ਕਰਤਾ ਜਮੁ ਕਰਿ ਮੁਗਲੁ ਚੜਾਇਆ ॥ ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ ॥੧॥ ਕਰਤਾ ਤੂੰ ਸਭਨਾ ਕਾ ਸੋਈ ॥ ਜੇ ਸਕਤਾ ਸਕਤੇ ਕਉ ਮਾਰੇ ਤਾ ਮਨਿ ਰੋਸੁ ਨ ਹੋਈ ॥੧॥ ਰਹਾਉ ॥ ਸਕਤਾ ਸੀਹੁ ਮਾਰੇ ਪੈ ਵਗੈ ਖਸਮੈ ਸਾ ਪੁਰਸਾਈ ॥ ਰਤਨ ਵਿਗਾੜਿ ਵਿਗੋਏ ਕੁਤੰੀ ਮੁਇਆ ਸਾਰ ਨ ਕਾਈ ॥ ਆਪੇ ਜੋੜਿ ਵਿਛੋੜੇ ਆਪੇ ਵੇਖੁ ਤੇਰੀ ਵਡਿਆਈ ॥੨॥ ਜੇ ਕੋ ਨਾਉ ਧਰਾਏ ਵਡਾ ਸਾਦ ਕਰੇ ਮਨਿ ਭਾਣੇ ॥ ਖਸਮੈ ਨਦਰੀ ਕੀੜਾ ਆਵੈ ਜੇਤੇ ਚੁਗੈ ਦਾਣੇ ॥ ਮਰਿ ਮਰਿ ਜੀਵੈ ਤਾ ਕਿਛੁ ਪਾਏ ਨਾਨਕ ਨਾਮੁ ਵਖਾਣੇ ॥੩॥੫॥੩੯॥

ਅੰਗ 360 ਤੋਂ ਰਾਗੁ ਆਸਾ ਘਰੁ ੨ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ, ਅੰਗ 365 ਤੱਕ ਹੈ।

ਅੰਗ 365 ਤੋਂ ਆਸਾ ਮਹਲਾ ੪ ਘਰੁ ੨ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 369 ਤੱਕ ਹੈ।

ਅੰਗ 369 ਤੋਂ ਰਾਗੁ ਆਸਾਵਰੀ ਮਹਲਾ ੪ ਸੁਧੰਗ ਬਾਣੀ ਸ਼ੁਰੂ ਹੋ ਜਾਂਦੀ ਹੈ, ਅੰਗ 370 ਤੱਕ ਹੈ।

ਅੰਗ 370 ਤੋਂ ਰਾਗੁ ਆਸਾ, ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 411 ਤੱਕ ਹੈ।

ਅੰਗ 411 'ਤੇ ਰਾਗੁ ਆਸਾ ਮਹਲਾ ੯ ਬਾਣੀ ਹੈ।

ਰਾਗੁ ਆਸਾ ਮਹਲਾ ੧ ਅਸਟਪਦੀਆ

ਅੰਗ 411 ਤੋਂ ਰਾਗੁ ਆਸਾ ਮਹਲਾ ੧ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 422 ਤੱਕ ਹੈ।

ਰਾਗੁ ਆਸਾ ਮਹਲਾ ੧ ਅਸਟਪਦੀਆ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਉਤਰਿ ਅਵਘਟਿ ਸਰਵਰਿ ਨ੍ਹਾਵੈ ॥ ਬਕੈ ਨ ਬੋਲੈ ਹਰਿ ਗੁਣ ਗਾਵੈ ॥ ਜਲੁ ਆਕਾਸੀ ਸੁੰਨਿ ਸਮਾਵੈ ॥ ਰਸੁ ਸਤੁ ਝੋਲਿ ਮਹਾ ਰਸੁ ਪਾਵੈ ॥੧॥ ਐਸਾ ਗਿਆਨੁ ਸੁਨਹੁ ਅਭ ਮੋਰੇ ॥ ਭਰਿਪੁਰਿ ਧਾਰਿ ਰਹਿਆ ਸਭ ਠਉਰੇ ॥੧॥ ਰਹਾਉ ॥ ਸਚੁ ਬ੍ਰਤੁ ਨੇਮੁ ਨ ਕਾਲੁ ਸੰਤਾਵੈ ॥ ਸਤਿਗੁਰ ਸਬਦਿ ਕਰੋਧੁ ਜਲਾਵੈ ॥ ਗਗਨਿ ਨਿਵਾਸਿ ਸਮਾਧਿ ਲਗਾਵੈ ॥ ਪਾਰਸੁ ਪਰਸਿ ਪਰਮ ਪਦੁ ਪਾਵੈ ॥੨॥ ਸਚੁ ਮਨ ਕਾਰਣਿ ਤਤੁ ਬਿਲੋਵੈ ॥ ਸੁਭਰ ਸਰਵਰਿ ਮੈਲੁ ਨ ਧੋਵੈ ॥ ਜੈ ਸਿਉ ਰਾਤਾ ਤੈਸੋ ਹੋਵੈ ॥ ਆਪੇ ਕਰਤਾ ਕਰੇ ਸੁ ਹੋਵੈ ॥੩॥ ਗੁਰ ਹਿਵ ਸੀਤਲੁ ਅਗਨਿ ਬੁਝਾਵੈ ॥ ਸੇਵਾ ਸੁਰਤਿ ਬਿਭੂਤ ਚੜਾਵੈ ॥ ਦਰਸਨੁ ਆਪਿ ਸਹਜ ਘਰਿ ਆਵੈ ॥ ਨਿਰਮਲ ਬਾਣੀ ਨਾਦੁ ਵਜਾਵੈ ॥੪॥ ਅੰਤਰਿ ਗਿਆਨੁ ਮਹਾ ਰਸੁ ਸਾਰਾ ॥ ਤੀਰਥ ਮਜਨੁ ਗੁਰ ਵੀਚਾਰਾ ॥ ਅੰਤਰਿ ਪੂਜਾ ਥਾਨੁ ਮੁਰਾਰਾ ॥ ਜੋਤੀ ਜੋਤਿ ਮਿਲਾਵਣਹਾਰਾ ॥੫॥ ਰਸਿ ਰਸਿਆ ਮਤਿ ਏਕੈ ਭਾਇ ॥ ਤਖਤ ਨਿਵਾਸੀ ਪੰਚ ਸਮਾਇ ॥ ਕਾਰ ਕਮਾਈ ਖਸਮ ਰਜਾਇ ॥ ਅਵਿਗਤ ਨਾਥੁ ਨ ਲਖਿਆ ਜਾਇ ॥੬॥ ਜਲ ਮਹਿ ਉਪਜੈ ਜਲ ਤੇ ਦੂਰਿ ॥ ਜਲ ਮਹਿ ਜੋਤਿ ਰਹਿਆ ਭਰਪੂਰਿ ॥ ਕਿਸੁ ਨੇੜੈ ਕਿਸੁ ਆਖਾ ਦੂਰਿ ॥ ਨਿਧਿ ਗੁਣ ਗਾਵਾ ਦੇਖਿ ਹਦੂਰਿ ॥੭॥ ਅੰਤਰਿ ਬਾਹਰਿ ਅਵਰੁ ਨ ਕੋਇ ॥ ਜੋ ਤਿਸੁ ਭਾਵੈ ਸੋ ਫੁਨਿ ਹੋਇ ॥ ਸੁਣਿ ਭਰਥਰਿ ਨਾਨਕੁ ਕਹੈ ਬੀਚਾਰੁ ॥ ਨਿਰਮਲ ਨਾਮੁ ਮੇਰਾ

ਆਧਾਰੁ ॥ ੮॥੧॥ ਆਸਾ ਮਹਲਾ ੧ ॥ ਸਭਿ ਜਪ ਸਭਿ ਤਪ ਸਭ ਚਤੁਰਾਈ ॥ ਊਝੜਿ ਭਰਮੈ ਰਾਹਿ ਨ ਪਾਈ ॥ ਬਿਨੁ ਬੂਝੇ ਕੋ ਥਾਇ ਨ ਪਾਈ ॥ ਨਾਮ ਬਿਹੂਣੈ ਮਾਥੇ ਛਾਈ ॥੧॥ ਸਾਚ ਧਣੀ ਜਗੁ ਆਇ ਬਿਨਾਸਾ ॥ ਛੂਟਸਿ ਪ੍ਰਾਣੀ ਗੁਰਮੁਖਿ ਦਾਸਾ ॥੧॥ ਰਹਾਉ ॥ ਜਗੁ ਮੋਹਿ ਬਾਧਾ ਬਹੁਤੀ ਆਸਾ ॥ ਗੁਰਮਤੀ ਇਕਿ ਭਏ ਉਦਾਸਾ ॥ ਅੰਤਰਿ ਨਾਮੁ ਕਮਲੁ ਪਰਗਾਸਾ ॥ ਤਿਨ੍ ਕਉ ਨਾਹੀ ਜਮ ਕੀ ਤ੍ਰਾਸਾ ॥੨॥ ਜਗੁ ਤ੍ਰਿਅ ਜਿਤੁ ਕਾਮਣਿ ਹਿਤਕਾਰੀ ॥ ਪੁਤ੍ਰ ਕਲਤ੍ਰ ਲਗਿ ਨਾਮੁ ਵਿਸਾਰੀ ॥ ਬਿਰਥਾ ਜਨਮੁ ਗਵਾਇਆ ਬਾਜੀ ਹਾਰੀ ॥ ਸਤਿਗੁਰੁ ਸੇਵੇ ਕਰਣੀ ਸਾਰੀ ॥੩॥ ਬਾਹਰਹੁ ਹਉਮੈ ਕਹੈ ਕਹਾਏ ॥ ਅੰਦਰਹੁ ਮੁਕਤੁ ਲੇਪੁ ਕਦੇ ਨ ਲਾਏ ॥ ਮਾਇਆ ਮੋਹੁ ਗੁਰ ਸਬਦਿ ਜਲਾਏ ॥ ਨਿਰਮਲ ਨਾਮੁ ਸਦ ਹਿਰਦੈ ਧਿਆਏ ॥੪॥ ਧਾਵਤੁ ਰਾਖੈ ਠਾਕਿ ਰਹਾਏ ॥ ਸਿਖ ਸੰਗਤਿ ਕਰਮਿ ਮਿਲਾਏ ॥ ਗੁਰ ਬਿਨੁ ਭੂਲੋ ਆਵੈ ਜਾਏ ॥ ਨਦਰਿ ਕਰੇ ਸੰਜੋਗਿ ਮਿਲਾਏ ॥੫॥ ਰੂੜੋ ਕਹਉ ਨ ਕਹਿਆ ਜਾਈ ॥ ਅਕਥ ਕਥਉ ਨਹ ਕੀਮਤਿ ਪਾਈ ॥ ਸਭ ਦੁਖ ਤੇਰੇ ਸੂਖ ਰਜਾਈ ॥ ਸਭਿ ਦੁਖ ਮੇਟੇ ਸਾਚੈ ਨਾਈ ॥੬॥ ਕਰ ਬਿਨੁ ਵਾਜਾ ਪਗ ਬਿਨੁ ਤਾਲਾ ॥ ਜੇ ਸਬਦੁ ਬੁਝੈ ਤਾ ਸਚੁ ਨਿਹਾਲਾ ॥ ਅੰਤਰਿ ਸਾਚੁ ਸਭੇ ਸੁਖ ਨਾਲਾ ॥ ਨਦਰਿ ਕਰੇ ਰਾਖੈ ਰਖਵਾਲਾ ॥੭॥ ਤ੍ਰਿਭਵਣ ਸੂਝੈ ਆਪੁ ਗਵਾਵੈ ॥ ਬਾਣੀ ਬੂਝੈ ਸਚਿ ਸਮਾਵੈ ॥ ਸਬਦੁ ਵੀਚਾਰੇ ਏਕ ਲਿਵ ਤਾਰਾ ॥ ਨਾਨਕ ਧੰਨੁ ਸਵਾਰਣਹਾਰਾ ॥੮॥੨॥ ਆਸਾ ਮਹਲਾ ੧ ॥ ਲੇਖ ਅਸੰਖ ਲਿਖਿ ਲਿਖਿ ਮਾਨੁ ॥ ਮਨਿ ਮਾਨਿਐ ਸਚੁ ਸੁਰਤਿ ਵਖਾਨੁ ॥ ਕਥਨੀ ਬਦਨੀ ਪੜਿ ਪੜਿ ਭਾਰੁ ॥ ਲੇਖ ਅਸੰਖ ਅਲੇਖੁ ਅਪਾਰੁ ॥੧॥ ਐਸਾ ਸਾਚਾ ਤੂੰ ਏਕੋ ਜਾਣੁ ॥ ਜੰਮਣੁ ਮਰਣਾ ਹੁਕਮੁ ਪਛਾਣੁ ॥੧॥ ਰਹਾਉ ॥ ਮਾਇਆ ਮੋਹਿ ਜਗੁ ਬਾਧਾ ਜਮਕਾਲਿ ॥ ਬਾਂਧਾ ਛੂਟੈ ਨਾਮੁ ਸਮ੍ਾਲਿ ॥ ਗੁਰੁ ਸੁਖਦਾਤਾ ਅਵਰੁ ਨ ਭਾਲਿ ॥ ਹਲਤਿ ਪਲਤਿ ਨਿਬਹੀ ਤੁਧੁ ਨਾਲਿ ॥੨॥ ਸਬਦਿ ਮਰੈ ਤਾਂ ਏਕ ਲਿਵ ਲਾਏ ॥ ਅਚਰੁ ਚਰੈ ਤਾਂ ਭਰਮੁ ਚੁਕਾਏ ॥ ਜੀਵਨ ਮੁਕਤੁ ਮਨਿ ਨਾਮੁ ਵਸਾਏ ॥ ਗੁਰਮੁਖਿ ਹੋਇ ਤ ਸਚਿ ਸਮਾਏ ॥੩॥ ਜਿਨਿ ਧਰ ਸਾਜੀ ਗਗਨੁ ਅਕਾਸੁ ॥ ਜਿਨਿ ਸਭ ਥਾਪੀ ਥਾਪਿ ਉਥਾਪਿ ॥ ਸਰਬ ਨਿਰੰਤਰਿ ਆਪੇ ਆਪਿ ॥ ਕਿਸੈ ਨ ਪੂਛੇ ਬਖਸੇ ਆਪਿ ॥੪॥ ਤੂ ਪੁਰੁ ਸਾਗਰੁ ਮਾਣਕ ਹੀਰੁ ॥ ਤੂ ਨਿਰਮਲੁ ਸਚੁ ਗੁਣੀ ਗਹੀਰੁ ॥ ਸੁਖੁ ਮਾਨੈ ਭੇਟੈ ਗੁਰ ਪੀਰੁ ॥ ਏਕੋ ਸਾਹਿਬੁ ਏਕੁ ਵਜੀਰੁ ॥੫॥ ਜਗੁ ਬੰਦੀ

ਮੁਕਤੇ ਹਉ ਮਾਰੀ ॥ ਜਗਿ ਗਿਆਨੀ ਵਿਰਲਾ ਆਚਾਰੀ ॥ ਜਗਿ ਪੰਡਿਤੁ ਵਿਰਲਾ ਵੀਚਾਰੀ ॥ ਬਿਨੁ ਸਤਿਗੁਰੁ ਭੇਟੇ ਸਭ ਫਿਰੈ ਅਹੰਕਾਰੀ ॥੬॥ ਜਗੁ ਦੁਖੀਆ ਸੁਖੀਆ ਜਨੁ ਕੋਇ ॥ ਜਗੁ ਰੋਗੀ ਭੋਗੀ ਗੁਣ ਰੋਇ ॥ ਜਗੁ ਉਪਜੈ ਬਿਨਸੈ ਪਤਿ ਖੋਇ ॥ ਗੁਰਮੁਖਿ ਹੋਵੈ ਬੂਝੈ ਸੋਇ ॥੭॥ ਮਹਘੋ ਮੋਲਿ ਭਾਰਿ ਅਫਾਰੁ ॥ ਅਟਲ ਅਛਲੁ ਗੁਰਮਤੀ ਧਾਰੁ ॥ ਭਾਇ ਮਿਲੈ ਭਾਵੈ ਭਇਕਾਰੁ ॥ ਨਾਨਕੁ ਨੀਚੁ ਕਹੈ ਬੀਚਾਰੁ ॥੮॥੩॥ ਆਸਾ ਮਹਲਾ ੧ ॥ ਏਕੁ ਮਰੈ ਪੰਚੇ ਮਿਲਿ ਰੋਵਹਿ ॥ ਹਉਮੈ ਜਾਇ ਸਬਦਿ ਮਲੁ ਧੋਵਹਿ ॥ ਸਮਝਿ ਸੂਝਿ ਸਹਜ ਘਰਿ ਹੋਵਹਿ ॥ ਬਿਨੁ ਬੂਝੇ ਸਗਲੀ ਪਤਿ ਖੋਵਹਿ ॥੧॥ ਕਉਣੁ ਮਰੈ ਕਉਣੁ ਰੋਵੈ ਓਹੀ ॥ ਕਰਣ ਕਾਰਣ ਸਭਸੈ ਸਿਰਿ ਤੋਹੀ ॥੧॥ ਰਹਾਉ ॥ ਮੂਏ ਕਉ ਰੋਵੈ ਦੁਖੁ ਕੋਇ ॥ ਸੋ ਰੋਵੈ ਜਿਸੁ ਬੇਦਨ ਹੋਇ ॥ ਜਿਸੁ ਬੀਤੀ ਜਾਣੈ ਪ੍ਰਭ ਸੋਇ ॥ ਆਪੇ ਕਰਤਾ ਕਰੇ ਸੁ ਹੋਇ ॥੨॥ ਜੀਵਤ ਮਰਣਾ ਤਾਰੇ ਤਰਣਾ ॥ ਜੈ ਜਗਦੀਸ ਪਰਮ ਗਤਿ ਸਰਣਾ ॥ ਹਉ ਬਲਿਹਾਰੀ ਸਤਿਗੁਰ ਚਰਣਾ ॥ ਗੁਰੁ ਬੋਹਿਥੁ ਸਬਦਿ ਭੈ ਤਰਣਾ ॥੩॥ ਨਿਰਭਉ ਆਪਿ ਨਿਰੰਤਰਿ ਜੋਤਿ ॥ ਬਿਨੁ ਨਾਵੈ ਸੂਤਕੁ ਜਗਿ ਛੋਤਿ ॥ ਦੁਰਮਤਿ ਬਿਨਸੈ ਕਿਆ ਕਹਿ ਰੋਤਿ ॥ ਜਨਮਿ ਮੂਏ ਬਿਨੁ ਭਗਤਿ ਸਰੋਤਿ ॥੪॥ ਮੂਏ ਕਉ ਸਚੁ ਰੋਵਹਿ ਮੀਤ ॥ ਤ੍ਰੈ ਗੁਣ ਰੋਵਹਿ ਨੀਤਾ ਨੀਤ ॥ ਦੁਖੁ ਸੁਖੁ ਪਰਹਰਿ ਸਹਜਿ ਸੁਚੀਤ ॥ ਤਨੁ ਮਨੁ ਸਉਪਉ ਕ੍ਰਿਸਨ ਪਰੀਤਿ ॥੫॥ ਭੀਤਰਿ ਏਕੁ ਅਨੇਕ ਅਸੰਖ ॥ ਕਰਮ ਧਰਮ ਬਹੁ ਸੰਖ ਅਸੰਖ ॥ ਬਿਨੁ ਭੈ ਭਗਤੀ ਜਨਮੁ ਬਿਰੰਥ ॥ ਹਰਿ ਗੁਣ ਗਾਵਹਿ ਮਿਲਿ ਪਰਮਾਰੰਥ ॥੬॥ ਆਪਿ ਮਰੈ ਮਾਰੇ ਭੀ ਆਪਿ ॥ ਆਪਿ ਉਪਾਏ ਥਾਪਿ ਉਥਾਪਿ ॥ ਸ੍ਰਿਸਟਿ ਉਪਾਈ ਜੋਤੀ ਤੂ ਜਾਤਿ ॥ ਸਬਦੁ ਵੀਚਾਰਿ ਮਿਲਣੁ ਨਹੀ ਭ੍ਰਾਤਿ ॥੭॥ ਸੂਤਕੁ ਅਗਨਿ ਭਖੈ ਜਗੁ ਖਾਇ ॥ ਸੂਤਕੁ ਜਲਿ ਥਲਿ ਸਭ ਹੀ ਥਾਇ ॥ ਨਾਨਕ ਸੂਤਕਿ ਜਨਮਿ ਮਰੀਜੈ ॥ ਗੁਰ ਪਰਸਾਦੀ ਹਰਿ ਰਸੁ ਪੀਜੈ ॥੮॥੪॥ ਰਾਗੁ ਆਸਾ ਮਹਲਾ ੧ ॥ ਆਪੁ ਵੀਚਾਰੈ ਸੁ ਪਰਖੇ ਹੀਰਾ ॥ ਏਕ ਦ੍ਰਿਸਟਿ ਤਾਰੇ ਗੁਰ ਪੂਰਾ ॥ ਗੁਰੁ ਮਾਨੈ ਮਨ ਤੇ ਮਨੁ ਧੀਰਾ ॥੧॥ ਐਸਾ ਸਾਹੁ ਸਰਾਫੀ ਕਰੈ ॥ ਸਾਚੀ ਨਦਰਿ ਏਕ ਲਿਵ ਤਰੈ ॥੧॥ ਰਹਾਉ ॥ ਪੂੰਜੀ ਨਾਮੁ ਨਿਰੰਜਨ ਸਾਰੁ ॥ ਨਿਰਮਲੁ ਸਾਚਿ ਰਤਾ ਪੈਕਾਰੁ ॥ ਸਿਫਤਿ ਸਹਜ ਘਰਿ ਗੁਰੁ ਕਰਤਾਰੁ ॥੨॥ ਆਸਾ ਮਨਸਾ ਸਬਦਿ ਜਲਾਏ ॥ ਰਾਮ ਨਰਾਇਣੁ ਕਹੈ ਕਹਾਏ ॥ ਗੁਰ ਤੇ ਵਾਟ ਮਹਲੁ

ਘਰੁ ਪਾਏ ॥੩॥ ਕੰਚਨ ਕਾਇਆ ਜੋਤਿ ਅਨੂਪੁ ॥ ਤ੍ਰਿਭਵਣ ਦੇਵਾ ਸਗਲ ਸਰੂਪੁ ॥ ਮੈ ਸੋ ਧਨੁ ਪਲੈ ਸਾਚੁ ਅਖੂਟੁ ॥੪॥ ਪੰਚ ਤੀਨਿ ਨਵ ਚਾਰਿ ਸਮਾਵੈ ॥ ਧਰਣਿ ਗਗਨੁ ਕਲ ਧਾਰਿ ਰਹਾਵੈ ॥ ਬਾਹਰਿ ਜਾਤਉ ਉਲਟਿ ਪਰਾਵੈ ॥ ੫॥ ਮੂਰਖੁ ਹੋਇ ਨ ਆਖੀ ਸੂਝੈ ॥ ਜਿਹਵਾ ਰਸੁ ਨਹੀ ਕਹਿਆ ਬੂਝੈ ॥ ਬਿਖੁ ਕਾ ਮਾਤਾ ਜਗ ਸਿਉ ਲੂਝੈ ॥੬॥ ਊਤਮ ਸੰਗਤਿ ਊਤਮੁ ਹੋਵੈ ॥ ਗੁਣ ਕਉ ਧਾਵੈ ਅਵਗਣ ਧੋਵੈ ॥ ਬਿਨੁ ਗੁਰ ਸੇਵੇ ਸਹਜੁ ਨ ਹੋਵੈ ॥੭॥ ਹੀਰਾ ਨਾਮੁ ਜਵੇਹਰ ਲਾਲੁ ॥ ਮਨੁ ਮੋਤੀ ਹੈ ਤਿਸ ਕਾ ਮਾਲੁ ॥ ਨਾਨਕ ਪਰਖੈ ਨਦਰਿ ਨਿਹਾਲੁ ॥੮॥੫॥ ਆਸਾ ਮਹਲਾ ੧ ॥ ਗੁਰਮੁਖਿ ਗਿਆਨੁ ਧਿਆਨੁ ਮਨਿ ਮਾਨੁ ॥ ਗੁਰਮੁਖਿ ਮਹਲੀ ਮਹਲੁ ਪਛਾਨੁ ॥ ਗੁਰਮੁਖਿ ਸੁਰਤਿ ਸਬਦੁ ਨੀਸਾਨੁ ॥੧॥ ਐਸੇ ਪ੍ਰੇਮ ਭਗਤਿ ਵੀਚਾਰੀ ॥ ਗੁਰਮੁਖਿ ਸਾਚਾ ਨਾਮੁ ਮੁਰਾਰੀ ॥੧॥ ਰਹਾਉ ॥ ਅਹਿਨਿਸਿ ਨਿਰਮਲੁ ਥਾਨਿ ਸੁਥਾਨੁ ॥ ਤੀਨ ਭਵਨ ਨਿਹਕੇਵਲ ਗਿਆਨੁ ॥ ਸਾਚੇ ਗੁਰ ਤੇ ਹੁਕਮੁ ਪਛਾਨੁ ॥੨॥ ਸਾਚਾ ਹਰਖੁ ਨਾਹੀ ਤਿਸੁ ਸੋਗੁ ॥ ਅੰਮ੍ਰਿਤੁ ਗਿਆਨੁ ਮਹਾ ਰਸੁ ਭੋਗੁ ॥ ਪੰਚ ਸਮਾਈ ਸੁਖੀ ਸਭੁ ਲੋਗੁ ॥੩॥ ਸਗਲੀ ਜੋਤਿ ਤੇਰਾ ਸਭੁ ਕੋਈ ॥ ਆਪੇ ਜੋੜਿ ਵਿਛੋੜੇ ਸੋਈ ॥ ਆਪੇ ਕਰਤਾ ਕਰੇ ਸੁ ਹੋਈ ॥੪॥ ਢਾਹਿ ਉਸਾਰੇ ਹੁਕਮਿ ਸਮਾਵੈ ॥ ਹੁਕਮੋ ਵਰਤੈ ਜੋ ਤਿਸੁ ਭਾਵੈ ॥ ਗੁਰ ਬਿਨੁ ਪੂਰਾ ਕੋਇ ਨ ਪਾਵੈ ॥੫॥ ਬਾਲਕ ਬਿਰਧਿ ਨ ਸੁਰਤਿ ਪਰਾਨਿ ॥ ਭਰਿ ਜੋਬਨਿ ਬੂਡੈ ਅਭਿਮਾਨਿ ॥ ਬਿਨੁ ਨਾਵੈ ਕਿਆ ਲਹਸਿ ਨਿਦਾਨਿ ॥੬॥ ਜਿਸ ਕਾ ਅਨੁ ਧਨੁ ਸਹਜਿ ਨ ਜਾਨਾ ॥ ਭਰਮਿ ਭੁਲਾਨਾ ਫਿਰਿ ਪਛੁਤਾਨਾ ॥ ਗਲਿ ਫਾਹੀ ਬਉਰਾ ਬਉਰਾਨਾ ॥੭॥ ਬੂਡਤ ਜਗੁ ਦੇਖਿਆ ਤਉ ਡਰਿ ਭਾਗੇ ॥ ਸਤਿਗੁਰਿ ਰਾਖੇ ਸੇ ਵਡਭਾਗੇ ॥ ਨਾਨਕ ਗੁਰ ਕੀ ਚਰਣੀ ਲਾਗੇ ॥੮॥੬॥ ਆਸਾ ਮਹਲਾ ੧ ॥ ਗਾਵਹਿ ਗੀਤੇ ਚੀਤਿ ਅਨੀਤੇ ॥ ਰਾਗ ਸੁਣਾਇ ਕਹਾਵਹਿ ਬੀਤੇ ॥ ਬਿਨੁ ਨਾਵੈ ਮਨਿ ਝੂਠੁ ਅਨੀਤੇ ॥੧॥ ਕਹਾ ਚਲਹੁ ਮਨ ਰਹਹੁ ਘਰੇ ॥ ਗੁਰਮੁਖਿ ਰਾਮ ਨਾਮਿ ਤ੍ਰਿਪਤਾਸੇ ਖੋਜਤ ਪਾਵਹੁ ਸਹਜਿ ਹਰੇ ॥੧॥ ਰਹਾਉ ॥ ਕਾਮੁ ਕ੍ਰੋਧੁ ਮਨਿ ਮੋਹੁ ਸਰੀਰਾ ॥ ਲਬੁ ਲੋਭੁ ਅਹੰਕਾਰੁ ਸੁ ਪੀਰਾ ॥ ਰਾਮ ਨਾਮ ਬਿਨੁ ਕਿਉ ਮਨੁ ਧੀਰਾ ॥੨॥ ਅੰਤਰਿ ਨਾਵਣੁ ਸਾਚੁ ਪਛਾਣੈ ॥ ਅੰਤਰ ਕੀ ਗਤਿ ਗੁਰਮੁਖਿ ਜਾਣੈ ॥ ਸਾਚ ਸਬਦ ਬਿਨੁ ਮਹਲੁ ਨ ਪਛਾਣੈ ॥੩॥ ਨਿਰੰਕਾਰ ਮਹਿ ਆਕਾਰੁ ਸਮਾਵੈ ॥ ਅਕਲ ਕਲਾ ਸਚੁ ਸਾਚਿ ਟਿਕਾਵੈ ॥ ਸੋ ਨਰੁ ਗਰਭ ਜੋਨਿ ਨਹੀ ਆਵੈ

॥੪॥ ਜਹਾਂ ਨਾਮੁ ਮਿਲੈ ਤਹ ਜਾਉ ॥ ਗੁਰ ਪਰਸਾਦੀ ਕਰਮ ਕਮਾਉ ॥ ਨਾਮੇ ਰਾਤਾ ਹਰਿ ਗੁਣ ਗਾਉ ॥੫॥ ਗੁਰ ਸੇਵਾ ਤੇ ਆਪੁ ਪਛਾਤਾ ॥ ਅੰਮ੍ਰਿਤ ਨਾਮੁ ਵਸਿਆ ਸੁਖਦਾਤਾ ॥ ਅਨਦਿਨੁ ਬਾਣੀ ਨਾਮੇ ਰਾਤਾ ॥੬॥ ਮੇਰਾ ਪ੍ਰਭੁ ਲਾਏ ਤਾ ਕੋ ਲਾਗੈ ॥ ਹਉਮੈ ਮਾਰੇ ਸਬਦੇ ਜਾਗੈ ॥ ਐਥੈ ਓਥੈ ਸਦਾ ਸੁਖੁ ਆਗੈ ॥੭॥ ਮਨੁ ਚੰਚਲੁ ਬਿਧਿ ਨਾਹੀ ਜਾਣੈ ॥ ਮਨਮੁਖਿ ਮੈਲਾ ਸਬਦੁ ਨ ਪਛਾਣੈ ॥ ਗੁਰਮੁਖਿ ਨਿਰਮਲੁ ਨਾਮੁ ਵਖਾਣੈ ॥੮॥ ਹਰਿ ਜੀਉ ਆਗੈ ਕਰੀ ਅਰਦਾਸਿ ॥ ਸਾਧੂ ਜਨ ਸੰਗਤਿ ਹੋਇ ਨਿਵਾਸੁ ॥ ਕਿਲਵਿਖ ਦੁਖ ਕਾਟੇ ਹਰਿ ਨਾਮੁ ਪ੍ਰਗਾਸੁ ॥੯॥ ਕਰਿ ਬੀਚਾਰੁ ਆਚਾਰੁ ਪਰਾਤਾ ॥ ਸਤਿਗੁਰ ਬਚਨੀ ਏਕੋ ਜਾਤਾ ॥ ਨਾਨਕ ਰਾਮ ਨਾਮਿ ਮਨੁ ਰਾਤਾ ॥੧੦॥੭॥ ਆਸਾ ਮਹਲਾ ੧ ॥ ਮਨੁ ਮੈਗਲੁ ਸਾਕਤੁ ਦੇਵਾਨਾ ॥ ਬਨ ਖੰਡਿ ਮਾਇਆ ਮੋਹਿ ਹੈਰਾਨਾ ॥ ਇਤ ਉਤ ਜਾਹਿ ਕਾਲ ਕੇ ਚਾਪੇ ॥ ਗੁਰਮੁਖਿ ਖੋਜਿ ਲਹੈ ਘਰੁ ਆਪੇ ॥੧॥ ਬਿਨੁ ਗੁਰ ਸਬਦੈ ਮਨੁ ਨਹੀ ਠਉਰਾ ॥ ਸਿਮਰਹੁ ਰਾਮ ਨਾਮੁ ਅਤਿ ਨਿਰਮਲੁ ਅਵਰ ਤਿਆਗਹੁ ਹਉਮੈ ਕਉਰਾ ॥੧॥ ਰਹਾਉ ॥ ਇਹੁ ਮਨੁ ਮੁਗਧੁ ਕਹਹੁ ਕਿਉ ਰਹਸੀ ॥ ਬਿਨੁ ਸਮਝੇ ਜਮ ਕਾ ਦੁਖੁ ਸਹਸੀ ॥ ਆਪੇ ਬਖਸੇ ਸਤਿਗੁਰੁ ਮੇਲੈ ॥ ਕਾਲੁ ਕੰਟਕੁ ਮਾਰੇ ਸਚੁ ਪੇਲੈ ॥੨॥ ਇਹੁ ਮਨੁ ਕਰਮਾ ਇਹੁ ਮਨੁ ਧਰਮਾ ॥ ਇਹੁ ਮਨੁ ਪੰਚ ਤਤੁ ਤੇ ਜਨਮਾ ॥ ਸਾਕਤੁ ਲੋਭੀ ਇਹੁ ਮਨੁ ਮੂੜਾ ॥ ਗੁਰਮੁਖਿ ਨਾਮੁ ਜਪੈ ਮਨੁ ਰੂੜਾ ॥੩॥ ਗੁਰਮੁਖਿ ਮਨੁ ਅਸਥਾਨੇ ਸੋਈ ॥ ਗੁਰਮੁਖਿ ਤ੍ਰਿਭਵਣਿ ਸੋਝੀ ਹੋਈ ॥ ਇਹੁ ਮਨੁ ਜੋਗੀ ਭੋਗੀ ਤਪੁ ਤਾਪੈ ॥ ਗੁਰਮੁਖਿ ਚੀਨ੍ਹੈ ਹਰਿ ਪ੍ਰਭੁ ਆਪੈ ॥੪॥ ਮਨੁ ਬੈਰਾਗੀ ਹਉਮੈ ਤਿਆਗੀ ॥ ਘਟਿ ਘਟਿ ਮਨਸਾ ਦੁਬਿਧਾ ਲਾਗੀ ॥ ਰਾਮ ਰਸਾਇਣੁ ਗੁਰਮੁਖਿ ਚਾਖੈ ॥ ਦਰਿ ਘਰਿ ਮਹਲੀ ਹਰਿ ਪਤਿ ਰਾਖੈ ॥੫॥ ਇਹੁ ਮਨੁ ਰਾਜਾ ਸੂਰ ਸੰਗ੍ਰਾਮਿ ॥ ਇਹੁ ਮਨੁ ਨਿਰਭਉ ਗੁਰਮੁਖਿ ਨਾਮਿ ॥ ਮਾਰੇ ਪੰਚ ਅਪੁਨੈ ਵਸਿ ਕੀਏ ॥ ਹਉਮੈ ਗ੍ਰਾਸਿ ਇਕਤੁ ਥਾਇ ਕੀਏ ॥੬॥ ਗੁਰਮੁਖਿ ਰਾਗ ਸੁਆਦ ਅਨ ਤਿਆਗੇ ॥ ਗੁਰਮੁਖਿ ਇਹੁ ਮਨੁ ਭਗਤੀ ਜਾਗੇ ॥ ਅਨਹਦ ਸੁਣਿ ਮਾਨਿਆ ਸਬਦੁ ਵੀਚਾਰੀ ॥ ਆਤਮੁ ਚੀਨ੍ਹਿ ਭਏ ਨਿਰੰਕਾਰੀ ॥੭॥ ਇਹੁ ਮਨੁ ਨਿਰਮਲੁ ਦਰਿ ਘਰਿ ਸੋਈ ॥ ਗੁਰਮੁਖਿ ਭਗਤਿ ਭਾਉ ਧੁਨਿ ਹੋਈ ॥ ਅਹਿਨਿਸਿ ਹਰਿ ਜਸੁ ਗੁਰ ਪਰਸਾਦਿ ॥ ਘਟਿ ਘਟਿ ਸੋ ਪ੍ਰਭੁ ਆਦਿ ਜੁਗਾਦਿ ॥੮॥ ਰਾਮ ਰਸਾਇਣਿ ਇਹੁ ਮਨੁ ਮਾਤਾ ॥ ਸਰਬ ਰਸਾਇਣੁ ਗੁਰਮੁਖਿ

ਜਾਤਾ ॥ ਭਗਤਿ ਹੇਤੁ ਗੁਰ ਚਰਣ ਨਿਵਾਸਾ ॥ ਨਾਨਕ ਹਰਿ ਜਨ ਕੇ ਦਾਸਨਿ ਦਾਸਾ ॥੯॥੮॥ ਆਸਾ ਮਹਲਾ ੧ ॥ ਤਨੁ ਬਿਨਸੈ ਧਨੁ ਕਾ ਕੋ ਕਹੀਐ ॥ ਬਿਨੁ ਗੁਰ ਰਾਮ ਨਾਮੁ ਕਤ ਲਹੀਐ ॥ ਰਾਮ ਨਾਮ ਧਨੁ ਸੰਗਿ ਸਖਾਈ ॥ ਅਹਿਨਿਸਿ ਨਿਰਮਲੁ ਹਰਿ ਲਿਵ ਲਾਈ ॥੧॥ ਰਾਮ ਨਾਮ ਬਿਨੁ ਕਵਨੁ ਹਮਾਰਾ ॥ ਸੁਖ ਦੁਖ ਸਮ ਕਰਿ ਨਾਮੁ ਨ ਛੋਡਉ ਆਪੇ ਬਖਸਿ ਮਿਲਾਵਣਹਾਰਾ ॥੧॥ ਰਹਾਉ ॥ ਕਨਿਕ ਕਾਮਨੀ ਹੇਤੁ ਗਵਾਰਾ ॥ ਦੁਬਿਧਾ ਲਾਗੇ ਨਾਮੁ ਵਿਸਾਰਾ ॥ ਜਿਸੁ ਤੂੰ ਬਖਸਹਿ ਨਾਮੁ ਜਪਾਇ ॥ ਦੂਤੁ ਨ ਲਾਗਿ ਸਕੈ ਗੁਨ ਗਾਇ ॥੨॥ ਹਰਿ ਗੁਰੁ ਦਾਤਾ ਰਾਮ ਗੁਪਾਲਾ ॥ ਜਿਉ ਭਾਵੈ ਤਿਉ ਰਾਖੁ ਦਇਆਲਾ ॥ ਗੁਰਮੁਖਿ ਰਾਮੁ ਮੇਰੈ ਮਨਿ ਭਾਇਆ ॥ ਰੋਗ ਮਿਟੇ ਦੁਖੁ ਠਾਕਿ ਰਹਾਇਆ ॥੩॥ ਅਵਰੁ ਨ ਅਉਖਧੁ ਤੰਤ ਨ ਮੰਤਾ ॥ ਹਰਿ ਹਰਿ ਸਿਮਰਣੁ ਕਿਲਵਿਖ ਹੰਤਾ ॥ ਤੂੰ ਆਪਿ ਭੁਲਾਵਹਿ ਨਾਮੁ ਵਿਸਾਰਿ ॥ ਤੂੰ ਆਪੇ ਰਾਖਹਿ ਕਿਰਪਾ ਧਾਰਿ ॥੪॥ ਰੋਗੁ ਭਰਮੁ ਭੇਦੁ ਮਨਿ ਦੂਜਾ ॥ ਗੁਰ ਬਿਨੁ ਭਰਮਿ ਜਪਹਿ ਜਪੁ ਦੂਜਾ ॥ ਆਦਿ ਪੁਰਖ ਗੁਰ ਦਰਸ ਨ ਦੇਖਹਿ ॥ ਵਿਣੁ ਗੁਰ ਸਬਦੈ ਜਨਮੁ ਕਿ ਲੇਖਹਿ ॥੫॥ ਦੇਖਿ ਅਚਰਜੁ ਰਹੇ ਬਿਸਮਾਦਿ ॥ ਘਟਿ ਘਟਿ ਸੁਰ ਨਰ ਸਹਜ ਸਮਾਧਿ ॥ ਭਰਿਪੁਰਿ ਧਾਰਿ ਰਹੇ ਮਨ ਮਾਹੀ ॥ ਤੁਮ ਸਮਸਰਿ ਅਵਰੁ ਕੋ ਨਾਹੀ ॥੬॥ ਜਾ ਕੀ ਭਗਤਿ ਹੇਤੁ ਮੁਖਿ ਨਾਮੁ ॥ ਸੰਤ ਭਗਤ ਕੀ ਸੰਗਤਿ ਰਾਮੁ ॥ ਬੰਧਨ ਤੋਰੇ ਸਹਜਿ ਧਿਆਨੁ ॥ ਛੂਟੈ ਗੁਰਮੁਖਿ ਹਰਿ ਗੁਰ ਗਿਆਨੁ ॥੭॥ ਨਾ ਜਮਦੂਤ ਦੂਖੁ ਤਿਸੁ ਲਾਗੈ ॥ ਜੋ ਜਨੁ ਰਾਮ ਨਾਮਿ ਲਿਵ ਜਾਗੈ ॥ ਭਗਤਿ ਵਛਲੁ ਭਗਤਾ ਹਰਿ ਸੰਗਿ ॥ ਨਾਨਕ ਮੁਕਤਿ ਭਏ ਹਰਿ ਰੰਗਿ ॥੮॥੯॥

ਆਸਾ ਮਹਲਾ ੧ ਇਕਤੁਕੀ ॥ ਗੁਰ ਸੇਵੇ ਸੋ ਠਾਕੁਰ ਜਾਨੈ ॥ ਦੂਖੁ ਮਿਟੈ ਸਚੁ ਸਬਦਿ ਪਛਾਨੈ ॥੧॥ ਰਾਮੁ ਜਪਹੁ ਮੇਰੀ ਸਖੀ ਸਖੈਨੀ ॥ ਸਤਿਗੁਰੁ ਸੇਵਿ ਦੇਖਹੁ ਪ੍ਰਭੁ ਨੈਨੀ ॥੧॥ ਰਹਾਉ ॥ ਬੰਧਨ ਮਾਤ ਪਿਤਾ ਸੰਸਾਰਿ ॥ ਬੰਧਨ ਸੁਤ ਕੰਨਿਆ ਅਰੁ ਨਾਰਿ ॥੨॥ ਬੰਧਨ ਕਰਮ ਧਰਮ ਹਉ ਕੀਆ ॥ ਬੰਧਨ ਪੁਤੁ ਕਲਤੁ ਮਨਿ ਬੀਆ ॥੩॥ ਬੰਧਨ ਕਿਰਖੀ ਕਰਹਿ ਕਿਰਸਾਨੁ ॥ ਹਉਮੈ ਡੰਨੁ ਸਹੈ ਰਾਜਾ ਮੰਗੈ ਦਾਨ ॥੪॥ ਬੰਧਨ ਸਉਦਾ ਅਣਵੀਚਾਰੀ ॥ ਤਿਪਤਿ ਨਾਹੀ ਮਾਇਆ ਮੋਹ ਪਸਾਰੀ ॥੫॥ ਬੰਧਨ ਸਾਹ ਸੰਚਹਿ ਧਨੁ ਜਾਇ ॥

ਬਿਨੁ ਹਰਿ ਭਗਤਿ ਨ ਪਵਈ ਥਾਇ ॥੬॥ ਬੰਧਨ ਬੇਦੁ ਬਾਦੁ ਅਹੰਕਾਰ ॥ ਬੰਧਨਿ ਬਿਨਸੈ ਮੋਹ ਵਿਕਾਰ ॥੭॥ ਨਾਨਕ ਰਾਮ ਨਾਮ ਸਰਣਾਈ ॥ ਸਤਿਗੁਰਿ ਰਾਖੇ ਬੰਧੁ ਨ ਪਾਈ ॥੮॥੧੦॥

ਰਾਗੁ ਆਸਾ ਮਹਲਾ ੧ ਅਸਟਪਦੀਆ ਘਰੁ ੩ ੴ ਸਤਿਗੁਰ ਪ੍ਰਸਾਦਿ ॥

ਜਿਨ ਸਿਰਿ ਸੋਹਨਿ ਪਟੀਆ ਮਾਂਗੀ ਪਾਇ ਸੰਧੂਰੁ ॥ ਸੇ ਸਿਰ ਕਾਤੀ ਮੁੰਨੀਅਨ੍ਹਿ ਗਲ ਵਿਚਿ ਆਵੈ ਧੂੜਿ ॥ ਮਹਲਾ ਅੰਦਰਿ ਹੋਦੀਆ ਹੁਣਿ ਬਹਣਿ ਨ ਮਿਲਨ੍ਹਿ ਹਦੂਰਿ ॥੧॥ ਆਦੇਸੁ ਬਾਬਾ ਆਦੇਸੁ ॥ ਆਦਿ ਪੁਰਖ ਤੇਰਾ ਅੰਤੁ ਨ ਪਾਇਆ ਕਰਿ ਕਰਿ ਦੇਖਹਿ ਵੇਸ ॥੧॥ ਰਹਾਉ ॥ ਜਦਹੁ ਸੀਆ ਵੀਆਹੀਆ ਲਾੜੇ ਸੋਹਨਿ ਪਾਸਿ ॥ ਹੀਡੋਲੀ ਚੜਿ ਆਈਆ ਦੰਦ ਖੰਡ ਕੀਤੇ ਰਾਸਿ ॥ ਉਪਰਹੁ ਪਾਣੀ ਵਾਰੀਐ ਝਲੇ ਝਿਮਕਨਿ ਪਾਸਿ ॥੨॥ ਇਕੁ ਲਖੁ ਲਹਨ੍ਹਿ ਬਹਿਠੀਆ ਲਖੁ ਲਹਨ੍ਹਿ ਖੜੀਆ ॥ ਗਰੀ ਛੁਹਾਰੇ ਖਾਂਦੀਆ ਮਾਣਨ੍ਹਿ ਸੇਜੜੀਆ ॥ ਤਿਨ੍ਹ ਗਲਿ ਸਿਲਕਾ ਪਾਈਆ ਤੁਟਨ੍ਹਿ ਮੋਤਸਰੀਆ ॥੩॥ ਧਨੁ ਜੋਬਨੁ ਦੁਇ ਵੈਰੀ ਹੋਏ ਜਿਨ੍ਹੀ ਰਖੇ ਰੰਗੁ ਲਾਇ ॥ ਦੂਤਾ ਨੋ ਫੁਰਮਾਇਆ ਲੈ ਚਲੇ ਪਤਿ ਗਵਾਇ ॥ ਜੇ ਤਿਸੁ ਭਾਵੈ ਦੇ ਵਡਿਆਈ ਜੇ ਭਾਵੈ ਦੇਇ ਸਜਾਇ ॥੪॥ ਅਗੋ ਦੇ ਜੇ ਚੇਤੀਐ ਤਾਂ ਕਾਇਤੁ ਮਿਲੈ ਸਜਾਇ ॥ ਸਾਹਾਂ ਸੁਰਤਿ ਗਵਾਈਆ ਰੰਗਿ ਤਮਾਸੈ ਚਾਇ ॥ ਬਾਬਰਵਾਣੀ ਫਿਰਿ ਗਈ ਕੁਇਰੁ ਨ ਰੋਟੀ ਖਾਇ ॥੫॥ ਇਕਨਾ ਵਖਤ ਖੁਆਈਅਹਿ ਇਕਨ੍ਹਾ ਪੂਜਾ ਜਾਇ ॥ ਚਉਕੇ ਵਿਣੁ ਹਿੰਦਵਾਣੀਆ ਕਿਉ ਟਿਕੇ ਕਢਹਿ ਨਾਇ ॥ ਰਾਮੁ ਨ ਕਬਹੂ ਚੇਤਿਓ ਹੁਣਿ ਕਹਣਿ ਨ ਮਿਲੈ ਖੁਦਾਇ ॥੬॥ ਇਕਿ ਘਰਿ ਆਵਹਿ ਆਪਣੈ ਇਕਿ ਮਿਲਿ ਮਿਲਿ ਪੁਛਹਿ ਸੁਖ ॥ ਇਕਨ੍ਹਾ ਏਹੋ ਲਿਖਿਆ ਬਹਿ ਬਹਿ ਰੋਵਹਿ ਦੁਖ ॥ ਜੋ ਤਿਸੁ ਭਾਵੈ ਸੋ ਥੀਐ ਨਾਨਕ ਕਿਆ ਮਾਨੁਖ ॥੭॥੧੧॥ ਆਸਾ ਮਹਲਾ ੧ ॥ ਕਹਾ ਸੁ ਖੇਲ ਤਬੇਲਾ ਘੋੜੇ ਕਹਾ ਭੇਰੀ ਸਹਨਾਈ ॥ ਕਹਾ ਸੁ ਤੇਗਬੰਦ ਗਾਡੇਰੜਿ ਕਹਾ ਸੁ ਲਾਲ ਕਵਾਈ ॥ ਕਹਾ ਸੁ ਆਰਸੀਆ ਮੁਹ ਬੰਕੇ ਐਥੈ ਦਿਸਹਿ ਨਾਹੀ ॥੧॥ ਇਹੁ ਜਗੁ ਤੇਰਾ ਤੂ ਗੋਸਾਈ ॥ ਏਕ ਘੜੀ ਮਹਿ ਥਾਪਿ ਉਥਾਪੇ ਜਰੁ ਵੰਡਿ ਦੇਵੈ ਭਾਂਈ ॥੧॥ ਰਹਾਉ ॥ ਕਹਾਂ

ਸੁ ਘਰ ਦਰ ਮੰਡਪ ਮਹਲਾ ਕਹਾ ਸੁ ਬੰਕ ਸਰਾਈ ॥ ਕਹਾਂ ਸੁ ਸੇਜ ਸੁਖਾਲੀ ਕਾਮਣਿ ਜਿਸੁ ਵੇਖਿ ਨੀਦ ਨ ਪਾਈ ॥ ਕਹਾ ਸੁ ਪਾਨ ਤੰਬੋਲੀ ਹਰਮਾ ਹੋਈਆ ਛਾਈ ਮਾਈ ॥੨॥ ਇਸੁ ਜਰ ਕਾਰਣਿ ਘਣੀ ਵਿਗੁਤੀ ਇਨਿ ਜਰ ਘਣੀ ਖੁਆਈ ॥ ਪਾਪਾ ਬਾਝਹੁ ਹੋਵੈ ਨਾਹੀ ਮੁਇਆ ਸਾਥਿ ਨ ਜਾਈ ॥ ਜਿਸ ਨੋ ਆਪਿ ਖੁਆਏ ਕਰਤਾ ਖੁਸਿ ਲਏ ਚੰਗਿਆਈ ॥੩॥ ਕੋਟੀ ਹੂ ਪੀਰ ਵਰਜਿ ਰਹਾਏ ਜਾ ਮੀਰੁ ਸੁਣਿਆ ਧਾਇਆ ॥ ਥਾਨ ਮੁਕਾਮ ਜਲੇ ਬਿਜ ਮੰਦਰ ਮੁਛਿ ਮੁਛਿ ਕੁਇਰ ਰੁਲਾਇਆ ॥ ਕੋਈ ਮੁਗਲੁ ਨ ਹੋਆ ਅੰਧਾ ਕਿਨੈ ਨ ਪਰਚਾ ਲਾਇਆ ॥੪॥ ਮੁਗਲ ਪਠਾਣਾ ਭਈ ਲੜਾਈ ਰਣ ਮਹਿ ਤੇਗ ਵਗਾਈ ॥ ਓਨ੍ਹੀ ਤੁਪਕ ਤਾਣਿ ਚਲਾਈ ਓਨ੍ਹੀ ਹਸਤਿ ਚਿੜਾਈ ॥ ਜਿਨ੍ਹ ਕੀ ਚੀਰੀ ਦਰਗਹ ਪਾਟੀ ਤਿਨ੍ਹਾ ਮਰਣਾ ਭਾਈ ॥੫॥ ਇਕ ਹਿੰਦਵਾਣੀ ਅਵਰ ਤੁਰਕਾਣੀ ਭਟਿਆਣੀ ਠਕੁਰਾਣੀ ॥ ਇਕਨ੍ਹਾ ਪੇਰਣ ਸਿਰ ਖੁਰ ਪਾਟੇ ਇਕਨ੍ਹਾ ਵਾਸੁ ਮਸਾਣੀ ॥ ਜਿਨ੍ਹ ਕੇ ਬੰਕੇ ਘਰੀ ਨ ਆਇਆ ਤਿਨ੍ਹ ਕਿਉ ਰੈਣਿ ਵਿਹਾਣੀ ॥੬॥ ਆਪੇ ਕਰੇ ਕਰਾਏ ਕਰਤਾ ਕਿਸ ਨੋ ਆਖਿ ਸੁਣਾਈਐ ॥ ਦੁਖੁ ਸੁਖੁ ਤੇਰੈ ਭਾਣੈ ਹੋਵੈ ਕਿਸ ਥੈ ਜਾਇ ਰੂਆਈਐ ॥ ਹੁਕਮੀ ਹੁਕਮਿ ਚਲਾਏ ਵਿਗਸੈ ਨਾਨਕ ਲਿਖਿਆ ਪਾਈਐ ॥੭॥੧੨॥

ੴ ਸਤਿਗੁਰ ਪ੍ਰਸਾਦਿ ॥ ਆਸਾ ਕਾਫੀ ਮਹਲਾ ੧ ਘਰੁ ੮ ਅਸਟਪਦੀਆ ॥ ਜੈਸੇ ਗੋਇਲਿ ਗੋਇਲੀ ਤੈਸੇ ਸੰਸਾਰਾ ॥ ਕੂੜੁ ਕਮਾਵਹਿ ਆਦਮੀ ਬਾਂਧਹਿ ਘਰ ਬਾਰਾ ॥੧॥ ਜਾਗਹੁ ਜਾਗਹੁ ਸੂਤਿਹੋ ਚਲਿਆ ਵਣਜਾਰਾ ॥੧॥ ਰਹਾਉ ॥ ਨੀਤ ਨੀਤ ਘਰ ਬਾਂਧੀਅਹਿ ਜੇ ਰਹਣਾ ਹੋਈ ॥ ਪਿੰਡੁ ਪਵੈ ਜੀਉ ਚਲਸੀ ਜੇ ਜਾਣੈ ਕੋਈ ॥੨॥ ਓਹੀ ਓਹੀ ਕਿਆ ਕਰਹੁ ਹੈ ਹੋਸੀ ਸੋਈ ॥ ਤੁਮ ਰੋਵਹੁਗੇ ਓਸ ਨੋ ਤੁਮ੍ ਕਉ ਕਉਣੁ ਰੋਈ ॥੩॥ ਧੰਧਾ ਪਿਟਿਹੁ ਭਾਈਹੋ ਤੁਮ੍ ਕੂੜੁ ਕਮਾਵਹੁ ॥ ਓਹੁ ਨ ਸੁਣਈ ਕਤ ਹੀ ਤੁਮ੍ ਲੋਕ ਸੁਣਾਵਹੁ ॥੪॥ ਜਿਸ ਤੇ ਸੁਤਾ ਨਾਨਕਾ ਜਾਗਾਏ ਸੋਈ ॥ ਜੇ ਘਰੁ ਬੂਝੈ ਆਪਣਾ ਤਾਂ ਨੀਦ ਨ ਹੋਈ ॥੫॥ ਜੇ ਚਲਦਾ ਲੈ ਚਲਿਆ ਕਿਛੁ ਸੰਪੈ ਨਾਲੇ ॥ ਤਾ ਧਨੁ ਸੰਚਹੁ ਦੇਖਿ ਕੈ ਬੂਝਹੁ ਬੀਚਾਰੇ ॥੬॥ ਵਣਜੁ ਕਰਹੁ ਮਖਸੂਦੁ ਲੈਹੁ ਮਤ ਪਛੋਤਾਵਹੁ ॥ ਅਉਗਣ ਛੋਡਹੁ ਗੁਣ ਕਰਹੁ ਐਸੇ ਤਤੁ ਪਰਾਵਹੁ ॥੭॥ ਧਰਮੁ ਭੂਮਿ ਸਤੁ ਬੀਜੁ ਕਰਿ ਐਸੀ ਕਿਰਸ ਕਮਾਵਹੁ ॥ ਤਾਂ ਵਾਪਾਰੀ ਜਾਣੀਅਹੁ ਲਾਹਾ ਲੈ ਜਾਵਹੁ ॥੮॥ ਕਰਮੁ

ਹੋਵੈ ਸਤਿਗੁਰੁ ਮਿਲੈ ਬੂਝੈ ਬੀਚਾਰਾ ॥ ਨਾਮੁ ਵਖਾਣੈ ਸੁਣੇ ਨਾਮੁ ਨਾਮੇ ਬਿਉਹਾਰਾ ॥੯॥ ਜਿਉ ਲਾਹਾ ਤੋਟਾ ਤਿਵੈ ਵਾਟ ਚਲਦੀ ਆਈ ॥ ਜੋ ਤਿਸੁ ਭਾਵੈ ਨਾਨਕਾ ਸਾਈ ਵਡਿਆਈ ॥੧੦॥੧੩॥ ਆਸਾ ਮਹਲਾ ੧ ॥ ਚਾਰੇ ਕੁੰਡਾ ਢੂਢੀਆ ਕੋ ਨੀਮ੍ਹੀ ਮੈਡਾ ॥ ਜੇ ਤੁਧੁ ਭਾਵੈ ਸਾਹਿਬਾ ਤੂ ਮੈ ਹਉ ਤੈਡਾ ॥੧॥ ਦਰੁ ਬੀਭਾ ਮੈ ਨੀਮ੍ਹਿ ਕੋ ਕੈ ਕਰੀ ਸਲਾਮੁ ॥ ਹਿਕੋ ਮੈਡਾ ਤੂ ਧਣੀ ਸਾਚਾ ਮੁਖਿ ਨਾਮੁ ॥੧॥ ਰਹਾਉ ॥ ਸਿਧਾ ਸੇਵਨਿ ਸਿਧ ਪੀਰ ਮਾਗਹਿ ਰਿਧਿ ਸਿਧਿ ॥ ਮੈ ਇਕੁ ਨਾਮੁ ਨ ਵੀਸਰੈ ਸਾਚੇ ਗੁਰ ਬੁਧਿ ॥੨॥ ਜੋਗੀ ਭੋਗੀ ਕਾਪੜੀ ਕਿਆ ਭਵਹਿ ਦਿਸੰਤਰ ॥ ਗੁਰ ਕਾ ਸਬਦੁ ਨ ਚੀਨ੍ਹੀ ਤਤੁ ਸਾਰੁ ਨਿਰੰਤਰ ॥੩॥ ਪੰਡਿਤ ਪਾਧੇ ਜੋਇਸੀ ਨਿਤ ਪੜ੍ਹਹਿ ਪੁਰਾਣਾ ॥ ਅੰਤਰਿ ਵਸਤੁ ਨ ਜਾਣਨ੍ਹੀ ਘਟਿ ਬ੍ਰਹਮੁ ਲੁਕਾਣਾ ॥੪॥ ਇਕਿ ਤਪਸੀ ਬਨ ਮਹਿ ਤਪੁ ਕਰਹਿ ਨਿਤ ਤੀਰਥ ਵਾਸਾ ॥ ਆਪੁ ਨ ਚੀਨਹਿ ਤਾਮਸੀ ਕਾਹੇ ਭਏ ਉਦਾਸਾ ॥੫॥ ਇਕਿ ਬਿੰਦੁ ਜਤਨ ਕਰਿ ਰਾਖਦੇ ਸੇ ਜਤੀ ਕਹਾਵਹਿ ॥ ਬਿਨੁ ਗੁਰ ਸਬਦ ਨ ਛੂਟਹੀ ਭ੍ਰਮਿ ਆਵਹਿ ਜਾਵਹਿ ॥੬॥ ਇਕਿ ਗਿਰਹੀ ਸੇਵਕ ਸਾਧਿਕਾ ਗੁਰਮਤੀ ਲਾਗੇ ॥ ਨਾਮੁ ਦਾਨੁ ਇਸਨਾਨੁ ਦ੍ਰਿੜੁ ਹਰਿ ਭਗਤਿ ਸੁ ਜਾਗੇ ॥੭॥ ਗੁਰ ਤੇ ਦਰੁ ਘਰੁ ਜਾਣੀਐ ਸੋ ਜਾਇ ਸਿਞਾਣੈ ॥ ਨਾਨਕ ਨਾਮੁ ਨ ਵੀਸਰੈ ਸਾਚੇ ਮਨੁ ਮਾਨੈ ॥੮॥੧੪॥ ਆਸਾ ਮਹਲਾ ੧ ॥ ਮਨਸਾ ਮਨਹਿ ਸਮਾਇਲੇ ਭਉਜਲੁ ਸਚਿ ਤਰਣਾ ॥ ਆਦਿ ਜੁਗਾਦਿ ਦਇਆਲੁ ਤੂ ਠਾਕੁਰ ਤੇਰੀ ਸਰਣਾ ॥੧॥ ਤੂ ਦਾਤੌ ਹਮ ਜਾਚਿਕਾ ਹਰਿ ਦਰਸਨੁ ਦੀਜੈ ॥ ਗੁਰਮੁਖਿ ਨਾਮੁ ਧਿਆਈਐ ਮਨ ਮੰਦਰੁ ਭੀਜੈ ॥੧॥ ਰਹਾਉ ॥ ਕੂੜਾ ਲਾਲਚੁ ਛੋਡੀਐ ਤਉ ਸਾਚੁ ਪਛਾਣੈ ॥ ਗੁਰ ਕੈ ਸਬਦਿ ਸਮਾਈਐ ਪਰਮਾਰਥੁ ਜਾਣੈ ॥੨॥ ਇਹੁ ਮਨੁ ਰਾਜਾ ਲੋਭੀਆ ਲੁਭਤਉ ਲੋਭਾਈ ॥ ਗੁਰਮੁਖਿ ਲੋਭੁ ਨਿਵਾਰੀਐ ਹਰਿ ਸਿਉ ਬਣਿ ਆਈ ॥੩॥ ਕਲਰਿ ਖੇਤੀ ਬੀਜੀਐ ਕਿਉ ਲਾਹਾ ਪਾਵੈ ॥ ਮਨਮੁਖੁ ਸਚਿ ਨ ਭੀਜਈ ਕੂੜੁ ਕੂੜਿ ਗਡਾਵੈ ॥੪॥ ਲਾਲਚੁ ਛੋਡਹੁ ਅੰਧਿਹੋ ਲਾਲਚਿ ਦੁਖੁ ਭਾਰੀ ॥ ਸਾਚੌ ਸਾਹਿਬੁ ਮਨਿ ਵਸੈ ਹਉਮੈ ਬਿਖੁ ਮਾਰੀ ॥੫॥ ਦੁਬਿਧਾ ਛੋਡਿ ਕੁਵਾਟੜੀ ਮੂਸਹੁਗੇ ਭਾਈ ॥ ਅਹਿਨਿਸਿ ਨਾਮੁ ਸਲਾਹੀਐ ਸਤਿਗੁਰ ਸਰਣਾਈ ॥੬॥ ਮਨਮੁਖ ਪਥਰੁ ਸੈਲੁ ਹੈ ਧ੍ਰਿਗੁ ਜੀਵਣੁ ਫੀਕਾ ॥ ਜਲ ਮਹਿ ਕੇਤਾ ਰਾਖੀਐ ਅਭ ਅੰਤਰਿ ਸੂਕਾ ॥੭॥ ਹਰਿ ਕਾ ਨਾਮੁ ਨਿਧਾਨੁ ਹੈ ਪੂਰੈ ਗੁਰਿ ਦੀਆ ॥ ਨਾਨਕ ਨਾਮੁ ਨ ਵੀਸਰੈ ਮਥਿ ਅੰਮ੍ਰਿਤੁ ਪੀਆ ॥੮॥੧੫॥

ਆਸਾ ਮਹਲਾ ੧ ॥ ਚਲੇ ਚਲਣਹਾਰ ਵਾਟ ਵਟਾਇਆ ॥ ਧੰਧੁ ਪਿਟੇ ਸੰਸਾਰੁ ਸਚੁ ਨ ਭਾਇਆ ॥੧॥ ਕਿਆ ਭਵੀਐ ਕਿਆ ਢੂਢੀਐ ਗੁਰ ਸਬਦਿ ਦਿਖਾਇਆ ॥ ਮਮਤਾ ਮੋਹੁ ਵਿਸਰਜਿਆ ਅਪਨੈ ਘਰਿ ਆਇਆ ॥੧॥ ਰਹਾਉ ॥ ਸਚਿ ਮਿਲੈ ਸਚਿਆਰੁ ਕੂੜਿ ਨ ਪਾਈਐ ॥ ਸਚੇ ਸਿਉ ਚਿਤੁ ਲਾਇ ਬਹੁੜਿ ਨ ਆਈਐ ॥੨॥ ਮੋਇਆ ਕਉ ਕਿਆ ਰੋਵਹੁ ਰੋਇ ਨ ਜਾਣਹੂ ॥ ਰੋਵਹੁ ਸਚੁ ਸਲਾਹਿ ਹੁਕਮੁ ਪਛਾਣਹੂ ॥੩॥ ਹੁਕਮੀ ਵਜਹੁ ਲਿਖਾਇ ਆਇਆ ਜਾਣੀਐ ॥ ਲਾਹਾ ਪਲੈ ਪਾਇ ਹੁਕਮੁ ਸਿਞਾਣੀਐ ॥੪॥ ਹੁਕਮੀ ਪੈਧਾ ਜਾਇ ਦਰਗਹ ਭਾਣੀਐ ॥ ਹੁਕਮੇ ਹੀ ਸਿਰਿ ਮਾਰ ਬੰਦਿ ਰਬਾਣੀਐ ॥੫॥ ਲਾਹਾ ਸਚੁ ਨਿਆਉ ਮਨਿ ਵਸਾਈਐ ॥ ਲਿਖਿਆ ਪਲੈ ਪਾਇ ਗਰਬੁ ਵਞਾਈਐ ॥੬॥ ਮਨਮੁਖੀਆ ਸਿਰਿ ਮਾਰ ਵਾਦਿ ਖਪਾਈਐ ॥ ਠਗਿ ਮੁਠੀ ਕੂੜਿਆਰ ਬੰਨ੍ਹਿ ਚਲਾਈਐ ॥੭॥ ਸਾਹਿਬੁ ਰਿਦੈ ਵਸਾਇ ਨ ਪਛੋਤਾਵਹੀ ॥ ਗੁਨਹਾਂ ਬਖਸਣਹਾਰੁ ਸਬਦੁ ਕਮਾਵਹੀ ॥੮॥ ਨਾਨਕੁ ਮੰਗੈ ਸਚੁ ਗੁਰਮੁਖਿ ਘਾਲੀਐ ॥ ਮੈ ਤੁਝ ਬਿਨੁ ਅਵਰੁ ਨ ਕੋਇ ਨਦਰਿ ਨਿਹਾਲੀਐ ॥੯॥੧੬॥ ਆਸਾ ਮਹਲਾ ੧ ॥ ਕਿਆ ਜੰਗਲੁ ਢੂਢੀ ਜਾਇ ਮੈ ਘਰਿ ਬਨੁ ਹਰੀਆਵਲਾ ॥ ਸਚਿ ਟਿਕੈ ਘਰਿ ਆਇ ਸਬਦਿ ਉਤਾਵਲਾ ॥੧॥ ਜਹ ਦੇਖਾ ਤਹ ਸੋਇ ਅਵਰੁ ਨ ਜਾਣੀਐ ॥ ਗੁਰ ਕੀ ਕਾਰ ਕਮਾਇ ਮਹਲੁ ਪਛਾਣੀਐ ॥੧॥ ਰਹਾਉ ॥ ਆਪਿ ਮਿਲਾਵੈ ਸਚੁ ਤਾ ਮਨਿ ਭਾਵਈ ॥ ਚਲੈ ਸਦਾ ਰਜਾਇ ਅੰਕਿ ਸਮਾਵਈ ॥੨॥ ਸਚਾ ਸਾਹਿਬੁ ਮਨਿ ਵਸੈ ਵਸਿਆ ਮਨਿ ਸੋਈ ॥ ਆਪੇ ਦੇ ਵਡਿਆਈਆ ਦੇ ਤੋਟਿ ਨ ਹੋਈ ॥੩॥ ਅਬੇ ਤਬੇ ਕੀ ਚਾਕਰੀ ਕਿਉ ਦਰਗਹ ਪਾਵੈ ॥ ਪਥਰ ਕੀ ਬੇੜੀ ਜੇ ਚੜੈ ਭਰ ਨਾਲਿ ਬੁਡਾਵੈ ॥੪॥ ਆਪਨੜਾ ਮਨੁ ਵੇਚੀਐ ਸਿਰੁ ਦੀਜੈ ਨਾਲੇ ॥ ਗੁਰਮੁਖਿ ਵਸਤੁ ਪਛਾਣੀਐ ਅਪਨਾ ਘਰੁ ਭਾਲੇ ॥੫॥ ਜੰਮਣੁ ਮਰਣਾ ਆਖੀਐ ਤਿਨਿ ਕਰਤੈ ਕੀਆ ॥ ਆਪੁ ਗਵਾਇਆ ਮਰਿ ਰਹੇ ਫਿਰਿ ਮਰਣੁ ਨ ਥੀਆ ॥੬॥ ਸਾਈ ਕਾਰ ਕਮਾਵਣੀ ਧੁਰ ਕੀ ਫੁਰਮਾਈ ॥ ਜੇ ਮਨੁ ਸਤਿਗੁਰ ਦੇ ਮਿਲੈ ਕਿਨਿ ਕੀਮਤਿ ਪਾਈ ॥੭॥ ਰਤਨਾ ਪਾਰਖੁ ਸੋ ਧਣੀ ਤਿਨਿ ਕੀਮਤਿ ਪਾਈ ॥ ਨਾਨਕ ਸਾਹਿਬੁ ਮਨਿ ਵਸੈ ਸਚੀ ਵਡਿਆਈ ॥੮॥੧੭॥ ਆਸਾ ਮਹਲਾ ੧ ॥ ਜਿਨ੍ਹੀ ਨਾਮੁ ਵਿਸਾਰਿਆ ਦੂਜੈ ਭਰਮਿ ਭੁਲਾਈ ॥ ਮੂਲੁ ਛੋਡਿ ਡਾਲੀ ਲਗੇ ਕਿਆ ਪਾਵਹਿ ਛਾਈ ॥੧॥ ਬਿਨੁ ਨਾਵੈ ਕਿਉ ਛੂਟੀਐ ਜੇ ਜਾਣੈ ਕੋਈ ॥ ਗੁਰਮੁਖਿ ਹੋਇ ਤ ਛੂਟੀਐ

ਮਨਮੁਖਿ ਪਤਿ ਖੋਈ ॥੧॥ ਰਹਾਉ ॥ ਜਿਨ੍ਹੀ ਏਕੋ ਸੇਵਿਆ ਪੂਰੀ ਮਤਿ ਭਾਈ ॥ ਆਦਿ ਜੁਗਾਦਿ ਨਿਰੰਜਨਾ ਜਨ ਹਰਿ ਸਰਣਾਈ ॥੨॥ ਸਾਹਿਬੁ ਮੇਰਾ ਏਕੁ ਹੈ ਅਵਰੁ ਨਹੀ ਭਾਈ ॥ ਕਿਰਪਾ ਤੇ ਸੁਖੁ ਪਾਇਆ ਸਾਚੇ ਪਰਥਾਈ ॥੩॥ ਗੁਰ ਬਿਨੁ ਕਿਨੈ ਨ ਪਾਇਓ ਕੇਤੀ ਕਹੈ ਕਹਾਏ ॥ ਆਪਿ ਦਿਖਾਵੈ ਵਾਟੜੀਂ ਸਚੀ ਭਗਤਿ ਦ੍ਰਿੜਾਏ ॥੪॥ ਮਨਮੁਖੁ ਜੇ ਸਮਝਾਈਐ ਭੀ ਉਝੜਿ ਜਾਏ ॥ ਬਿਨੁ ਹਰਿ ਨਾਮ ਨ ਛੂਟਸੀ ਮਰਿ ਨਰਕ ਸਮਾਏ ॥੫॥ ਜਨਮਿ ਮਰੈ ਭਰਮਾਈਐ ਹਰਿ ਨਾਮੁ ਨ ਲੇਵੈ ॥ ਤਾ ਕੀ ਕੀਮਤਿ ਨਾ ਪਵੈ ਬਿਨੁ ਗੁਰ ਕੀ ਸੇਵੈ ॥੬॥ ਜੇਹੀ ਸੇਵ ਕਰਾਈਐ ਕਰਣੀ ਭੀ ਸਾਈ ॥ ਆਪਿ ਕਰੇ ਕਿਸੁ ਆਖੀਐ ਵੇਖੈ ਵਡਿਆਈ ॥੭॥ ਗੁਰ ਕੀ ਸੇਵਾ ਸੋ ਕਰੇ ਜਿਸੁ ਆਪਿ ਕਰਾਏ ॥ ਨਾਨਕ ਸਿਰੁ ਦੇ ਛੂਟੀਐ ਦਰਗਹ ਪਤਿ ਪਾਏ ॥੮॥੧੮॥ ਆਸਾ ਮਹਲਾ ੧ ॥ ਰੂੜੋ ਠਾਕੁਰ ਮਾਹਰੋ ਰੂੜੀ ਗੁਰਬਾਣੀ ॥ ਵਡੈ ਭਾਗਿ ਸਤਿਗੁਰੁ ਮਿਲੈ ਪਾਈਐ ਪਦੁ ਨਿਰਬਾਣੀ ॥੧॥ ਮੈ ਓਲ੍ਗੀਆ ਓਲ੍ਗੀ ਹਮ ਛੋਰੂ ਥਾਰੇ ॥ ਜਿਉ ਤੂੰ ਰਾਖਹਿ ਤਿਉ ਰਹਾ ਮੁਖਿ ਨਾਮੁ ਹਮਾਰੇ ॥੧॥ ਰਹਾਉ ॥ ਦਰਸਨ ਕੀ ਪਿਆਸਾ ਘਣੀ ਭਾਣੈ ਮਨਿ ਭਾਈਐ ॥ ਮੇਰੇ ਠਾਕੁਰ ਹਾਥਿ ਵਡਿਆਈਆ ਭਾਣੈ ਪਤਿ ਪਾਈਐ ॥੨॥ ਸਾਚਉ ਦੂਰਿ ਨ ਜਾਣੀਐ ਅੰਤਰਿ ਹੈ ਸੋਈ ॥ ਜਹ ਦੇਖਾ ਤਹ ਰਵਿ ਰਹੇ ਕਿਨਿ ਕੀਮਤਿ ਹੋਈ ॥੩॥ ਆਪਿ ਕਰੇ ਆਪੇ ਹਰੇ ਵੇਖੈ ਵਡਿਆਈ ॥ ਗੁਰਮੁਖਿ ਹੋਇ ਨਿਹਾਲੀਐ ਇਉ ਕੀਮਤਿ ਪਾਈ ॥੪॥ ਜੀਵਦਿਆ ਲਾਹਾ ਮਿਲੈ ਗੁਰ ਕਾਰ ਕਮਾਵੈ ॥ ਪੂਰਬਿ ਹੋਵੈ ਲਿਖਿਆ ਤਾ ਸਤਿਗੁਰੁ ਪਾਵੈ ॥੫॥ ਮਨਮੁਖ ਤੋਟਾ ਨਿਤ ਹੈ ਭਰਮਹਿ ਭਰਮਾਏ ॥ ਮਨਮੁਖੁ ਅੰਧੁ ਨ ਚੇਤਈ ਕਿਉ ਦਰਸਨੁ ਪਾਏ ॥੬॥ ਤਾ ਜਗਿ ਆਇਆ ਜਾਣੀਐ ਸਾਚੈ ਲਿਵ ਲਾਏ ॥ ਗੁਰ ਭੇਟੇ ਪਾਰਸੁ ਭਏ ਜੋਤੀ ਜੋਤਿ ਮਿਲਾਏ ॥੭॥ ਅਹਿਨਿਸਿ ਰਹੈ ਨਿਰਾਲਮੋ ਕਾਰ ਧੁਰ ਕੀ ਕਰਣੀ ॥ ਨਾਨਕ ਨਾਮਿ ਸੰਤੋਖੀਆ ਰਾਤੇ ਹਰਿ ਚਰਣੀ ॥੮॥੧੯॥ ਆਸਾ ਮਹਲਾ ੧ ॥ ਕੇਤਾ ਆਖਣੁ ਆਖੀਐ ਤਾ ਕੇ ਅੰਤ ਨ ਜਾਣਾ ॥ ਮੈ ਨਿਧਰਿਆ ਧਰ ਏਕ ਤੂੰ ਮੈ ਤਾਣੁ ਸਤਾਣਾ ॥੧॥ ਨਾਨਕ ਕੀ ਅਰਦਾਸਿ ਹੈ ਸਚਿ ਨਾਮਿ ਸੁਹੇਲਾ ॥ ਆਪੁ ਗਇਆ ਸੋਝੀ ਪਈ ਗੁਰ ਸਬਦੀ ਮੇਲਾ ॥੧॥ ਰਹਾਉ ॥ ਹਉਮੈ ਗਰਬੁ ਗਵਾਈਐ ਪਾਈਐ ਵੀਚਾਰੁ ॥ ਸਾਹਿਬ ਸਿਉ ਮਨੁ ਮਾਨਿਆ ਦੇ ਸਾਚੁ ਅਧਾਰੁ ॥੨॥ ਅਹਿਨਿਸਿ ਨਾਮਿ ਸੰਤੋਖੀਆ ਸੇਵਾ ਸਚੁ ਸਾਈ ॥ ਤਾ ਕਉ ਬਿਘਨੁ ਨ

ਲਾਗਈ ਚਾਲੈ ਹੁਕਮਿ ਰਜਾਈ ॥੩॥ ਹੁਕਮਿ ਰਜਾਈ ਜੋ ਚਲੈ ਸੋ ਪਵੈ ਖਜਾਨੈ ॥ ਖੋਟੇ ਠਵਰ ਨ ਪਾਇਨੀ ਰਲੇ ਜੂਠਾਨੈ ॥੪॥ ਨਿਤ ਨਿਤ ਖਰਾ ਸਮਾਲੀਐ ਸਚੁ ਸਉਦਾ ਪਾਈਐ ॥ ਖੋਟੇ ਨਦਰਿ ਨ ਆਵਨੀ ਲੇ ਅਗਨਿ ਜਲਾਈਐ ॥੫॥ ਜਿਨੀ ਆਤਮੁ ਚੀਨਿਆ ਪਰਮਾਤਮੁ ਸੋਈ ॥ ਏਕੋ ਅੰਮ੍ਰਿਤ ਬਿਰਖੁ ਹੈ ਫਲੁ ਅੰਮ੍ਰਿਤੁ ਹੋਈ ॥੬॥ ਅੰਮ੍ਰਿਤ ਫਲੁ ਜਿਨੀ ਚਾਖਿਆ ਸਚਿ ਰਹੇ ਅਘਾਈ ॥ ਤਿੰਨਾ ਭਰਮੁ ਨ ਭੇਦੁ ਹੈ ਹਰਿ ਰਸਨ ਰਸਾਈ ॥੭॥ ਹੁਕਮਿ ਸੰਜੋਗੀ ਆਇਆ ਚਲੁ ਸਦਾ ਰਜਾਈ ॥ ਅਉਗਣਿਆਰੇ ਕਉ ਗੁਣੁ ਨਾਨਕੈ ਸਚੁ ਮਿਲੈ ਵਡਾਈ ॥੮॥੨੦॥ ਆਸਾ ਮਹਲਾ ੧ ॥ ਮਨੁ ਰਾਤਉ ਹਰਿ ਨਾਇ ਸਚੁ ਵਖਾਣਿਆ ॥ ਲੋਕਾ ਦਾ ਕਿਆ ਜਾਇ ਜਾ ਤੁਧੁ ਭਾਣਿਆ ॥੧॥ ਜਉ ਲਗੁ ਜੀਉ ਪਰਾਣ ਸਚੁ ਧਿਆਈਐ ॥ ਲਾਹਾ ਹਰਿ ਗੁਣ ਗਾਇ ਮਿਲੈ ਸੁਖੁ ਪਾਈਐ ॥੧॥ ਰਹਾਉ ॥ ਸਚੀ ਤੇਰੀ ਕਾਰ ਦੇਹਿ ਦਇਆਲੁ ਤੂੰ ॥ ਹਉ ਜੀਵਾ ਤੁਧੁ ਸਾਲਾਹਿ ਮੈ ਟੇਕ ਅਧਾਰੁ ਤੂੰ ॥੨॥ ਦਰਿ ਸੇਵਕੁ ਦਰਵਾਨੁ ਦਰਦੁ ਤੂੰ ਜਾਣਹੀ ॥ ਭਗਤਿ ਤੇਰੀ ਹੈਰਾਨੁ ਦਰਦੁ ਗਵਾਵਹੀ ॥੩॥ ਦਰਗਹ ਨਾਮੁ ਹਦੂਰਿ ਗੁਰਮੁਖਿ ਜਾਣਸੀ ॥ ਵੇਲਾ ਸਚੁ ਪਰਵਾਣੁ ਸਬਦੁ ਪਛਾਣਸੀ ॥੪॥ ਸਤੁ ਸੰਤੋਖੁ ਕਰਿ ਭਾਉ ਤੋਸਾ ਹਰਿ ਨਾਮੁ ਸੇਇ ॥ ਮਨਹੁ ਛੋਡਿ ਵਿਕਾਰ ਸਚਾ ਸਚੁ ਦੇਇ ॥੫॥ ਸਚੇ ਸਚਾ ਨੇਹੁ ਸਚੈ ਲਾਇਆ ॥ ਆਪੇ ਕਰੇ ਨਿਆਉ ਜੋ ਤਿਸੁ ਭਾਇਆ ॥੬॥ ਸਚੇ ਸਚੀ ਦਾਤਿ ਦੇਹਿ ਦਇਆਲੁ ਹੈ ॥ ਤਿਸੁ ਸੇਵੀ ਦਿਨੁ ਰਾਤਿ ਨਾਮੁ ਅਮੋਲੁ ਹੈ ॥੭॥ ਤੂੰ ਉਤਮੁ ਹਉ ਨੀਚੁ ਸੇਵਕੁ ਕਾਂਢੀਆ ॥ ਨਾਨਕ ਨਦਰਿ ਕਰੇਹੁ ਮਿਲੈ ਸਚੁ ਵਾਂਢੀਆ ॥੮॥੨੧॥ ਆਸਾ ਮਹਲਾ ੧ ॥ ਆਵਣ ਜਾਣਾ ਕਿਉ ਰਹੈ ਕਿਉ ਮੇਲਾ ਹੋਈ ॥ ਜਨਮ ਮਰਣ ਕਾ ਦੁਖੁ ਘਣੋ ਨਿਤ ਸਹਸਾ ਦੋਈ ॥੧॥ ਬਿਨੁ ਨਾਵੈ ਕਿਆ ਜੀਵਨਾ ਫਿਟੁ ਧ੍ਰਿਗੁ ਚਤੁਰਾਈ ॥ ਸਤਿਗੁਰ ਸਾਧੁ ਨ ਸੇਵਿਆ ਹਰਿ ਭਗਤਿ ਨ ਭਾਈ ॥੧॥ ਰਹਾਉ ॥ ਆਵਣੁ ਜਾਵਣੁ ਤਉ ਰਹੈ ਪਾਈਐ ਗੁਰੁ ਪੂਰਾ ॥ ਰਾਮ ਨਾਮੁ ਧਨੁ ਰਾਸਿ ਦੇਇ ਬਿਨਸੈ ਭ੍ਰਮੁ ਕੂਰਾ ॥੨॥ ਸੰਤ ਜਨਾ ਕਉ ਮਿਲਿ ਰਹੈ ਧਨੁ ਧਨੁ ਜਸੁ ਗਾਏ ॥ ਆਦਿ ਪੁਰਖੁ ਅਪਰੰਪਰਾ ਗੁਰਮੁਖਿ ਹਰਿ ਪਾਏ ॥੩॥ ਨਟੂਐ ਸਾਂਗੁ ਬਣਾਇਆ ਬਾਜੀ ਸੰਸਾਰਾ ॥ ਖਿਨੁ ਪਲੁ ਬਾਜੀ ਦੇਖੀਐ ਉਝਰਤ ਨਹੀ ਬਾਰਾ ॥੪॥ ਹਉਮੈ ਚਉਪੜਿ ਖੇਲਣਾ ਝੂਠੇ ਅਹੰਕਾਰਾ ॥ ਸਭੁ ਜਗੁ ਹਾਰੈ ਸੋ ਜਿਣੈ ਗੁਰ ਸਬਦੁ ਵੀਚਾਰਾ ॥੫॥ ਜਿਉ ਅੰਧੁਲੈ ਹਥਿ ਟੋਹਣੀ ਹਰਿ ਨਾਮੁ

ਹਮਾਰੈ ॥ ਰਾਮ ਨਾਮੁ ਹਰਿ ਟੇਕ ਹੈ ਨਿਸਿ ਦਉਤ ਸਵਾਰੈ ॥੬॥ ਜਿਉ ਤੂੰ ਰਾਖਹਿ ਤਿਉ ਰਹਾ ਹਰਿ ਨਾਮ ਅਧਾਰਾ ॥ ਅੰਤਿ ਸਖਾਈ ਪਾਇਆ ਜਨ ਮੁਕਤਿ ਦੁਆਰਾ ॥੭॥ ਜਨਮ ਮਰਣ ਦੁਖ ਮੇਟਿਆ ਜਪਿ ਨਾਮੁ ਮੁਰਾਰੇ ॥ ਨਾਨਕ ਨਾਮੁ ਨ ਵੀਸਰੈ ਪੂਰਾ ਗੁਰੁ ਤਾਰੇ ॥੮॥੨੨॥

ਅੰਗ 422 ਤੋਂ ਆਸਾ ਮਹਲਾ ੩ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 430 ਤੱਕ ਹੈ।

ਅੰਗ 430 ਤੋਂ ਆਸਾ ਮਹਲਾ ੫ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ, ਅੰਗ 431 ਤੱਕ ਹੈ।

ਅੰਗ 431 ਤੋਂ ਆਸਾ ਮਹਲਾ ੫ ਬਿਰਹੜੇ ਘਰੁ ੪ ਛੰਤਾ ਕੀ ਜਤਿ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 432 ਤੱਕ ਹੈ।

ਰਾਗੁ ਆਸਾ ਮਹਲਾ ੧ ਪਟੀ ਲਿਖੀ

ਅੰਗ 432 ਤੋਂ ਰਾਗੁ ਆਸਾ ਮਹਲਾ ੧ ਪਟੀ ਲਿਖੀ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 434 ਤੱਕ ਹੈ।

ਰਾਗੁ ਆਸਾ ਮਹਲਾ ੧ ਪਟੀ ਲਿਖੀ ੴ ਸਤਿਗੁਰ ਪ੍ਰਸਾਦਿ ॥

ਸਸੈ ਸੋਇ ਸ੍ਰਿਸਟਿ ਜਿਨਿ ਸਾਜੀ ਸਭਨਾ ਸਾਹਿਬੁ ਏਕੁ ਭਇਆ ॥ ਸੇਵਤ ਰਹੇ ਚਿਤੁ ਜਿਨ੍ ਕਾ ਲਾਗਾ ਆਇਆ ਤਿਨ੍ ਕਾ ਸਫਲੁ ਭਇਆ ॥੧॥ ਮਨ ਕਾਹੇ ਭੂਲੇ ਮੂੜ ਮਨਾ ॥ ਜਬ ਲੇਖਾ ਦੇਵਹਿ ਬੀਰਾ ਤਉ ਪੜਿਆ ॥੧॥ ਰਹਾਉ ॥ ਈਵੜੀ ਆਦਿ ਪੁਰਖੁ ਹੈ ਦਾਤਾ ਆਪੇ ਸਚਾ ਸੋਈ ॥ ਏਨਾ ਅਖਰਾ ਮਹਿ ਜੋ ਗੁਰਮੁਖਿ ਬੂਝੈ ਤਿਸੁ ਸਿਰਿ ਲੇਖੁ ਨ ਹੋਈ ॥੨॥ ਊੜੈ ਉਪਮਾ ਤਾ ਕੀ ਕੀਜੈ ਜਾ ਕਾ ਅੰਤੁ ਨ ਪਾਇਆ ॥ ਸੇਵਾ ਕਰਹਿ ਸੇਈ ਫਲੁ ਪਾਵਹਿ ਜਿਨੀ ਸਚੁ ਕਮਾਇਆ ॥੩॥ ਙੰਙੈ ਙਿਆਨੁ ਬੂਝੈ ਜੇ ਕੋਈ ਪੜਿਆ ਪੰਡਿਤੁ ਸੋਈ ॥ ਸਰਬ ਜੀਆ ਮਹਿ ਏਕੋ ਜਾਣੈ ਤਾ ਹਉਮੈ ਕਹੈ ਨ ਕੋਈ ॥੪॥ ਕਕੈ ਕੇਸ ਪੁੰਡਰ ਜਬ ਹੂਏ ਵਿਣੁ ਸਾਬੂਣੈ ਉਜਲਿਆ ॥ ਜਮ ਰਾਜੇ ਕੇ ਹੇਰੂ ਆਏ ਮਾਇਆ ਕੈ ਸੰਗਲਿ ਬੰਧਿ ਲਇਆ ॥੫॥ ਖਖੈ ਖੁੰਦਕਾਰੁ ਸਾਹ ਆਲਮੁ ਕਰਿ ਖਰੀਦਿ ਜਿਨਿ ਖਰਚੁ ਦੀਆ ॥ ਬੰਧਨਿ ਜਾ ਕੈ ਸਭੁ ਜਗੁ ਬਾਧਿਆ ਅਵਰੀ ਕਾ ਨਹੀ ਹੁਕਮੁ ਪਇਆ ॥੬॥ ਗਗੈ ਗੋਇ ਗਾਇ ਜਿਨਿ ਛੋਡੀ ਗਲੀ ਗੋਬਿਦੁ ਗਰਬਿ ਭਇਆ ॥ ਘੜਿ ਭਾਂਡੇ ਜਿਨਿ ਆਵੀ ਸਾਜੀ ਚਾੜਣ ਵਾਹੈ ਤਈ ਕੀਆ ॥੭॥ ਘਘੈ ਘਾਲ ਸੇਵਕੁ ਜੇ ਘਾਲੈ ਸਬਦਿ ਗੁਰੂ ਕੈ ਲਾਗਿ ਰਹੈ ॥ ਬੁਰਾ ਭਲਾ ਜੇ ਸਮ ਕਰਿ ਜਾਣੈ ਇਨ ਬਿਧਿ ਸਾਹਿਬੁ ਰਮਤੁ ਰਹੈ ॥੮॥ ਚਚੈ ਚਾਰਿ ਵੇਦ ਜਿਨਿ ਸਾਜੇ ਚਾਰੇ ਖਾਣੀ ਚਾਰਿ ਜੁਗਾ ॥ ਜੁਗੁ ਜੁਗੁ ਜੋਗੀ ਖਾਣੀ ਭੋਗੀ ਪੜਿਆ ਪੰਡਿਤੁ ਆਪਿ ਥੀਆ ॥੯॥ ਛਛੈ ਛਾਇਆ ਵਰਤੀ ਸਭ ਅੰਤਰਿ ਤੇਰਾ ਕੀਆ ਭਰਮੁ ਹੋਆ ॥ ਭਰਮੁ ਉਪਾਇ ਭੁਲਾਈਅਨੁ ਆਪੇ ਤੇਰਾ ਕਰਮੁ ਹੋਆ ਤਿਨ੍ ਗੁਰੂ ਮਿਲਿਆ ॥੧੦॥ ਜਜੈ ਜਾਨੁ ਮੰਗਤ ਜਨੁ ਜਾਚੈ ਲਖ ਚਉਰਾਸੀਹ ਭੀਖ ਭਵਿਆ ॥ ਏਕੋ ਲੇਵੈ ਏਕੋ ਦੇਵੈ ਅਵਰੁ ਨ ਦੂਜਾ ਮੈ ਸੁਣਿਆ ॥੧੧॥ ਝਝੈ ਝੂਰਿ ਮਰਹੁ ਕਿਆ ਪ੍ਰਾਣੀ ਜੋ ਕਿਛੁ ਦੇਣਾ ਸੁ ਦੇ ਰਹਿਆ ॥ ਦੇ ਦੇ ਵੇਖੈ ਹੁਕਮੁ ਚਲਾਏ ਜਿਉ ਜੀਆ ਕਾ ਰਿਜਕੁ ਪਇਆ ॥੧੨॥ ਞੰਞੈ ਨਦਰਿ ਕਰੇ ਜਾ ਦੇਖਾ ਦੂਜਾ ਕੋਈ ਨਾਹੀ ॥ ਏਕੋ ਰਵਿ ਰਹਿਆ ਸਭ ਥਾਈ ਏਕੁ ਵਸਿਆ ਮਨ ਮਾਹੀ ॥੧੩॥ ਟਟੈ ਟੰਚੁ ਕਰਹੁ ਕਿਆ ਪ੍ਰਾਣੀ ਘੜੀ ਕਿ ਮੁਹਤਿ ਕਿ ਉਠਿ ਚਲਣਾ ॥ ਜੂਐ ਜਨਮੁ ਨ ਹਾਰਹੁ ਅਪਣਾ ਭਾਜਿ ਪੜਹੁ ਤੁਮ ਹਰਿ ਸਰਣਾ ॥੧੪॥ ਠਠੈ ਠਾਢਿ ਵਰਤੀ ਤਿਨ ਅੰਤਰਿ ਹਰਿ ਚਰਣੀ ਜਿਨ੍ ਕਾ ਚਿਤੁ ਲਾਗਾ ॥ ਚਿਤੁ ਲਾਗਾ ਸੇਈ ਜਨ ਨਿਸਤਰੇ ਤਉ ਪਰਸਾਦੀ ਸੁਖੁ ਪਾਇਆ ॥੧੫॥ ਡਡੈ ਡੰਫੁ ਕਰਹੁ ਕਿਆ ਪ੍ਰਾਣੀ ਜੋ ਕਿਛੁ ਹੋਆ ਸੁ ਸਭੁ ਚਲਣਾ ॥ ਤਿਸੈ ਸਰੇਵਹੁ ਤਾ ਸੁਖੁ ਪਾਵਹੁ ਸਰਬ ਨਿਰੰਤਰਿ ਰਵਿ ਰਹਿਆ ॥੧੬॥ ਢਢੈ ਢਾਹਿ ਉਸਾਰੈ ਆਪੇ ਜਿਉ ਤਿਸੁ ਭਾਵੈ ਤਿਵੈ ਕਰੇ ॥ ਕਰਿ ਕਰਿ

ਵੇਖੈ ਹੁਕਮੁ ਚਲਾਏ ਤਿਸੁ ਨਿਸਤਾਰੇ ਜਾ ਕਉ ਨਦਰਿ ਕਰੇ ॥੧੭॥ ਙਾਣੈ ਰਵਤੁ ਰਹੈ ਘਟ ਅੰਤਰਿ ਹਰਿ ਗੁਣ ਗਾਵੈ ਸੋਈ ॥ ਆਪੇ ਆਪਿ ਮਿਲਾਏ ਕਰਤਾ ਪੁਨਰਪਿ ਜਨਮੁ ਨ ਹੋਈ ॥੧੮॥ ਤਤੈ ਤਾਰੂ ਭਵਜਲੁ ਹੋਆ ਤਾ ਕਾ ਅੰਤੁ ਨ ਪਾਇਆ ॥ ਨਾ ਤਰ ਨਾ ਤੁਲਹਾ ਹਮ ਬੂਡਸਿ ਤਾਰਿ ਲੇਹਿ ਤਾਰਣ ਰਾਇਆ ॥੧੯॥ ਥਥੈ ਥਾਨਿ ਥਾਨੰਤਰਿ ਸੋਈ ਜਾ ਕਾ ਕੀਆ ਸਭੁ ਹੋਆ ॥ ਕਿਆ ਭਰਮੁ ਕਿਆ ਮਾਇਆ ਕਹੀਐ ਜੋ ਤਿਸੁ ਭਾਵੈ ਸੋਈ ਭਲਾ ॥੨੦॥ ਦਦੈ ਦੋਸੁ ਨ ਦੇਊ ਕਿਸੈ ਦੋਸੁ ਕਰੰਮਾ ਆਪਣਿਆ ॥ ਜੋ ਮੈ ਕੀਆ ਸੋ ਮੈ ਪਾਇਆ ਦੋਸੁ ਨ ਦੀਜੈ ਅਵਰ ਜਨਾ ॥੨੧॥ ਧਧੈ ਧਾਰਿ ਕਲਾ ਜਿਨਿ ਛੋਡੀ ਹਰਿ ਚੀਜੀ ਜਿਨਿ ਰੰਗ ਕੀਆ ॥ ਤਿਸ ਦਾ ਦੀਆ ਸਭਨੀ ਲੀਆ ਕਰਮੀ ਕਰਮੀ ਹੁਕਮੁ ਪਇਆ ॥੨੨॥ ਨੰਨੈ ਨਾਹ ਭੋਗ ਨਿਤ ਭੋਗੈ ਨਾ ਡੀਠਾ ਨਾ ਸੰਮ੍ਹਲਿਆ ॥ ਗਲੀ ਹਉ ਸੋਹਾਗਣਿ ਭੈਣੇ ਕੰਤੁ ਨ ਕਬਹੂੰ ਮੈ ਮਿਲਿਆ ॥੨੩॥ ਪਪੈ ਪਾਤਿਸਾਹੁ ਪਰਮੇਸਰੁ ਵੇਖਣ ਕਉ ਪਰਪੰਚੁ ਕੀਆ ॥ ਦੇਖੈ ਬੂਝੈ ਸਭੁ ਕਿਛੁ ਜਾਣੈ ਅੰਤਰਿ ਬਾਹਰਿ ਰਵਿ ਰਹਿਆ ॥੨੪॥ ਫਫੈ ਫਾਹੀ ਸਭੁ ਜਗੁ ਫਾਸਾ ਜਮ ਕੈ ਸੰਗਲਿ ਬੰਧਿ ਲਇਆ ॥ ਗੁਰ ਪਰਸਾਦੀ ਸੇ ਨਰ ਉਬਰੇ ਜਿ ਹਰਿ ਸਰਣਾਗਤਿ ਭਜਿ ਪਇਆ ॥੨੫॥ ਬਬੈ ਬਾਜੀ ਖੇਲਣ ਲਾਗਾ ਚਉਪੜਿ ਕੀਤੇ ਚਾਰਿ ਜੁਗਾ ॥ ਜੀਅ ਜੰਤ ਸਭ ਸਾਰੀ ਕੀਤੇ ਪਾਸਾ ਢਾਲਣਿ ਆਪਿ ਲਗਾ ॥੨੬॥ ਭਭੈ ਭਾਲਹਿ ਸੇ ਫਲੁ ਪਾਵਹਿ ਗੁਰ ਪਰਸਾਦੀ ਜਿਨ੍ ਕਉ ਭਉ ਪਇਆ ॥ ਮਨਮੁਖ ਫਿਰਹਿ ਨ ਚੇਤਹਿ ਮੂੜੇ ਲਖ ਚਉਰਾਸੀਹ ਫੇਰੁ ਪਇਆ ॥੨੭॥ ਮੰਮੈ ਮੋਹੁ ਮਰਣੁ ਮਧੁਸੂਦਨੁ ਮਰਣੁ ਭਇਆ ਤਬ ਚੇਤਵਿਆ ॥ ਕਾਇਆ ਭੀਤਰਿ ਅਵਰੋ ਪੜਿਆ ਮੰਮਾ ਅਖਰੁ ਵੀਸਰਿਆ ॥੨੮॥ ਯਯੈ ਜਨਮੁ ਨ ਹੋਵੀ ਕਦ ਹੀ ਜੇ ਕਰਿ ਸਚੁ ਪਛਾਣੈ ॥ ਗੁਰਮੁਖਿ ਆਖੈ ਗੁਰਮੁਖਿ ਬੂਝੈ ਗੁਰਮੁਖਿ ਏਕੋ ਜਾਣੈ ॥੨੯॥ ਰਾਰੈ ਰਵਿ ਰਹਿਆ ਸਭ ਅੰਤਰਿ ਜੇਤੇ ਕੀਏ ਜੰਤਾ ॥ ਜੰਤ ਉਪਾਇ ਧੰਧੈ ਸਭ ਲਾਏ ਕਰਮੁ ਹੋਆ ਤਿਨ ਨਾਮੁ ਲਇਆ ॥੩੦॥ ਲਲੈ ਲਾਇ ਧੰਧੈ ਜਿਨਿ ਛੋਡੀ ਮੀਠਾ ਮਾਇਆ ਮੋਹੁ ਕੀਆ ॥ ਖਾਣਾ ਪੀਣਾ ਸਮ ਕਰਿ ਸਹਣਾ ਭਾਣੈ ਤਾ ਕੈ ਹੁਕਮੁ ਪਇਆ ॥੩੧॥ ਵਵੈ ਵਾਸੁਦੇਉ ਪਰਮੇਸਰੁ ਵੇਖਣ ਕਉ ਜਿਨਿ ਵੇਸੁ ਕੀਆ ॥ ਵੇਖੈ ਚਾਖੈ ਸਭੁ ਕਿਛੁ ਜਾਣੈ ਅੰਤਰਿ ਬਾਹਰਿ ਰਵਿ ਰਹਿਆ ॥੩੨॥ ੜਾੜੈ ਰਾੜਿ ਕਰਹਿ ਕਿਆ ਪ੍ਰਾਣੀ ਤਿਸਹਿ ਧਿਆਵਹੁ ਜਿ ਅਮਰੁ ਹੋਆ ॥ ਤਿਸਹਿ ਧਿਆਵਹੁ ਸਚਿ ਸਮਾਵਹੁ ਓਸੁ ਵਿਟਹੁ ਕੁਰਬਾਣੁ ਕੀਆ ॥੩੩॥ ਹਾਹੈ ਹੋਰੁ ਨ ਕੋਈ ਦਾਤਾ ਜੀਅ ਉਪਾਇ ਜਿਨਿ ਰਿਜਕੁ ਦੀਆ ॥ ਹਰਿ ਨਾਮੁ ਧਿਆਵਹੁ ਹਰਿ ਨਾਮਿ ਸਮਾਵਹੁ ਅਨਦਿਨੁ

ਲਾਹਾ ਹਰਿ ਨਾਮੁ ਲੀਆ ॥੩੪॥ ਆਇੜੈ ਆਪਿ ਕਰੇ ਜਿਨਿ ਛੋਡੀ ਜੋ ਕਿਛੁ ਕਰਣਾ ਸੁ ਕਰਿ ਰਹਿਆ ॥ ਕਰੇ ਕਰਾਏ ਸਭ ਕਿਛੁ ਜਾਣੈ ਨਾਨਕ ਸਾਇਰ ਇਵ ਕਹਿਆ ॥੩੫॥੧॥

ਅੰਗ 434 ਤੋਂ ਰਾਗੁ ਆਸਾ ਮਹਲਾ ੩ ਪਟੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 435 ਤੱਕ ਹੈ।

ਰਾਗੁ ਆਸਾ ਮਹਲਾ ੧

ਅੰਗ 435 ਤੋਂ ਰਾਗੁ ਆਸਾ ਮਹਲਾ ੧ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ, ਅੰਗ 439 ਤੱਕ ਹੈ।

ਰਾਗੁ ਆਸਾ ਮਹਲਾ ੧ ਛੰਤ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਮੁੰਧ ਜੋਬਨਿ ਬਾਲੜੀਏ ਮੇਰਾ ਪਿਰੁ ਰਲੀਆਲਾ ਰਾਮ ॥ ਧਨ ਪਿਰ ਨੇਹੁ ਘਣਾ ਰਸਿ ਪ੍ਰੀਤਿ ਦਇਆਲਾ ਰਾਮ ॥ ਧਨ ਪਿਰਹਿ ਮੇਲਾ ਹੋਇ ਸੁਆਮੀ ਆਪਿ ਪ੍ਰਭੁ ਕਿਰਪਾ ਕਰੇ ॥ ਸੇਜਾ ਸੁਹਾਵੀ ਸੰਗਿ ਪਿਰ ਕੈ ਸਾਤ ਸਰ ਅੰਮ੍ਰਿਤ ਭਰੇ ॥ ਕਰਿ ਦਇਆ ਮਇਆ ਦਇਆਲ ਸਾਚੇ ਸਬਦਿ ਮਿਲਿ ਗੁਣ ਗਾਵਓ ॥ ਨਾਨਕਾ ਹਰਿ ਵਰੁ ਦੇਖਿ ਬਿਗਸੀ ਮੁੰਧ ਮਨਿ ਓਮਾਹਓ ॥੧॥ ਮੁੰਧ ਸਹਜਿ ਸਲੋਨੜੀਏ ਇਕ ਪ੍ਰੇਮ ਬਿਨੰਤੀ ਰਾਮ ॥ ਮੈ ਮਨਿ ਤਨਿ ਹਰਿ ਭਾਵੈ ਪ੍ਰਭ ਸੰਗਮਿ ਰਾਤੀ ਰਾਮ ॥ ਪ੍ਰਭ ਪ੍ਰੇਮਿ ਰਾਤੀ ਹਰਿ ਬਿਨੰਤੀ ਨਾਮਿ ਹਰਿ ਕੈ ਸੁਖਿ ਵਸੈ ॥ ਤਉ ਗੁਣ ਪਛਾਣਹਿ ਤਾ ਪ੍ਰਭੁ ਜਾਣਹਿ ਗੁਣਹ ਵਸਿ ਅਵਗਣ ਨਸੈ ॥ ਤੁਧੁ ਬਾਝੁ ਇਕੁ ਤਿਲੁ ਰਹਿ ਨ ਸਾਕਾ ਕਹਣਿ ਸੁਨਣਿ ਨ ਧੀਜਏ ॥ ਨਾਨਕਾ ਪ੍ਰਿਉ ਪ੍ਰਿਉ ਕਰਿ ਪੁਕਾਰੇ ਰਸਨ ਰਸਿ ਮਨੁ ਭੀਜਏ ॥੨॥ ਸਖੀਹੋ

ਸਹੇਲੜੀਹੋ ਮੇਰਾ ਪਿਰੁ ਵਣਜਾਰਾ ਰਾਮ ॥ ਹਰਿ ਨਾਮੋੁ ਵਣੰਜੜਿਆ ਰਸਿ ਮੋਲਿ ਅਪਾਰਾ ਰਾਮ ॥ ਮੋਲਿ ਅਮੋਲੋ ਸਚ ਘਰਿ ਢੋਲੋ ਪ੍ਰਭ ਭਾਵੈ ਤਾ ਮੁੰਧ ਭਲੀ ॥ ਇਕਿ ਸੰਗਿ ਹਰਿ ਕੈ ਕਰਹਿ ਰਲੀਆ ਹਉ ਪੁਕਾਰੀ ਦਰਿ ਖਲੀ ॥ ਕਰਣ ਕਾਰਣ ਸਮਰਥ ਸ੍ਰੀਧਰ ਆਪਿ ਕਾਰਜੁ ਸਾਰਏ ॥ ਨਾਨਕ ਨਦਰੀ ਧਨ ਸੋਹਾਗਣਿ ਸਬਦੁ ਅਭ ਸਾਧਾਰਏ ॥੩॥ ਹਮ ਘਰਿ ਸਾਚਾ ਸੋਹਿਲੜਾ ਪ੍ਰਭ ਆਇਅੜੇ ਮੀਤਾ ਰਾਮ ॥ ਰਾਵੇ ਰੰਗਿ ਰਾਤੜਿਆ ਮਨੁ ਲੀਅੜਾ ਦੀਤਾ ਰਾਮ ॥ ਆਪਣਾ ਮਨੁ ਦੀਆ ਹਰਿ ਵਰੁ ਲੀਆ ਜਿਉ ਭਾਵੈ ਤਿਉ ਰਾਵਏ ॥ ਤਨੁ ਮਨੁ ਪਿਰ ਆਗੈ ਸਬਦਿ ਸਭਾਗੈ ਘਰਿ ਅੰਮ੍ਰਿਤ ਫਲੁ ਪਾਵਏ ॥ ਬੁਧਿ ਪਾਠਿ ਨ ਪਾਈਐ ਬਹੁ ਚਤੁਰਾਈਐ ਭਾਇ ਮਿਲੈ ਮਨਿ ਭਾਣੇ ॥ ਨਾਨਕ ਠਾਕੁਰ ਮੀਤ ਹਮਾਰੇ ਹਮ ਨਾਹੀ ਲੋਕਾਣੇ ॥੪॥੧॥

ਆਸਾ ਮਹਲਾ ੧ ॥ ਅਨਹਦੋ ਅਨਹਦੁ ਵਾਜੈ ਰੁਣ ਝੁਣਕਾਰੇ ਰਾਮ ॥ ਮੇਰਾ ਮਨੋ ਮੇਰਾ ਮਨੁ ਰਾਤਾ ਲਾਲ ਪਿਆਰੇ ਰਾਮ ॥ ਅਨਦਿਨੁ ਰਾਤਾ ਮਨੁ ਬੈਰਾਗੀ ਸੁੰਨ ਮੰਡਲਿ ਘਰੁ ਪਾਇਆ ॥ ਆਦਿ ਪੁਰਖੁ ਅਪਰੰਪਰੁ ਪਿਆਰਾ ਸਤਿਗੁਰਿ ਅਲਖੁ ਲਖਾਇਆ ॥ ਆਸਣਿ ਬੈਸਣਿ ਥਿਰੁ ਨਾਰਾਇਣੁ ਤਿਤੁ ਮਨੁ ਰਾਤਾ ਵੀਚਾਰੇ ॥ ਨਾਨਕ ਨਾਮਿ ਰਤੇ ਬੈਰਾਗੀ ਅਨਹਦ ਰੁਣ ਝੁਣਕਾਰੇ ॥੧॥ ਤਿਤੁ ਅਗਮ ਤਿਤੁ ਅਗਮ ਪੁਰੇ ਕਹੁ ਕਿਤੁ ਬਿਧਿ ਜਾਈਐ ਰਾਮ ॥ ਸਚੁ ਸੰਜਮੋ ਸਾਰਿ ਗੁਣਾ ਗੁਰ ਸਬਦੁ ਕਮਾਈਐ ਰਾਮ ॥ ਸਚੁ ਸਬਦੁ ਕਮਾਈਐ ਨਿਜ ਘਰਿ ਜਾਈਐ ਪਾਈਐ ਗੁਣੀ ਨਿਧਾਨਾ ॥ ਤਿਤੁ ਸਾਖਾ ਮੂਲੁ ਪਤੁ ਨਹੀ ਡਾਲੀ ਸਿਰਿ ਸਭਨਾ ਪਰਧਾਨਾ ॥ ਜਪੁ ਤਪੁ ਕਰਿ ਕਰਿ ਸੰਜਮ ਥਾਕੀ ਹਠਿ ਨਿਗ੍ਰਹਿ ਨਹੀ ਪਾਈਐ ॥ ਨਾਨਕ ਸਹਜਿ ਮਿਲੇ ਜਗਜੀਵਨ ਸਤਿਗੁਰ ਬੂਝ ਬੁਝਾਈਐ ॥੨॥ ਗੁਰ ਸਾਗਰੋ ਰਤਨਾਗਰੁ ਤਿਤੁ ਰਤਨ ਘਣੇਰੇ ਰਾਮ ॥ ਕਰਿ ਮਜਨੋ ਸਪਤ ਸਰੇ ਮਨ ਨਿਰਮਲ ਮੇਰੇ ਰਾਮ ॥ ਨਿਰਮਲ ਜਲਿ ਨ੍ਹਾਏ ਜਾ ਪ੍ਰਭ ਭਾਏ ਪੰਚ ਮਿਲੇ ਵੀਚਾਰੇ ॥ ਕਾਮੁ ਕਰੋਧੁ ਕਪਟੁ ਬਿਖਿਆ ਤਜਿ ਸਚੁ ਨਾਮੁ ਉਰਿ ਧਾਰੇ ॥ ਹਉਮੈ ਲੋਭ ਲਹਰਿ ਲਬ ਥਾਕੇ ਪਾਏ ਦੀਨ ਦਇਆਲਾ ॥ ਨਾਨਕ ਗੁਰ ਸਮਾਨਿ ਤੀਰਥੁ ਨਹੀ ਕੋਈ ਸਾਚੇ ਗੁਰ ਗੋਪਾਲਾ ॥੩॥ ਹਉ ਬਨੁ ਬਨੋ ਦੇਖਿ ਰਹੀ ਤ੍ਰਿਣੁ ਦੇਖਿ ਸਬਾਇਆ ਰਾਮ ॥ ਤ੍ਰਿਭਵਣੋ ਤੁਝਹਿ ਕੀਆ ਸਭੁ ਜਗਤੁ ਸਬਾਇਆ ਰਾਮ ॥ ਤੇਰਾ ਸਭੁ ਕੀਆ ਤੂੰ ਥਿਰੁ ਥੀਆ ਤੁਧੁ ਸਮਾਨਿ ਕੋ ਨਾਹੀ ॥ ਤੂੰ

ਦਾਤਾ ਸਭ ਜਾਚਿਕ ਤੇਰੇ ਤੁਧੁ ਬਿਨੁ ਕਿਸੁ ਸਾਲਾਹੀ ॥ ਅਣਮੰਗਿਆ ਦਾਨੁ ਦੀਜੈ ਦਾਤੇ ਤੇਰੀ ਭਗਤਿ ਭਰੇ ਭੰਡਾਰਾ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਨਾਨਕੁ ਕਹੈ ਵੀਚਾਰਾ ॥੪॥੨॥

ਆਸਾ ਮਹਲਾ ੧ ॥ ਮੇਰਾ ਮਨੋ ਮੇਰਾ ਮਨੁ ਰਾਤਾ ਰਾਮ ਪਿਆਰੇ ਰਾਮ ॥ ਸਚੁ ਸਾਹਿਬੋ ਆਦਿ ਪੁਰਖੁ ਅਪਰੰਪਰੋ ਧਾਰੇ ਰਾਮ ॥ ਅਗਮ ਅਗੋਚਰੁ ਅਪਰ ਅਪਾਰਾ ਪਾਰਬ੍ਰਹਮੁ ਪਰਧਾਨੋ ॥ ਆਦਿ ਜੁਗਾਦੀ ਹੈ ਭੀ ਹੋਸੀ ਅਵਰੁ ਝੂਠਾ ਸਭੁ ਮਾਨੋ ॥ ਕਰਮ ਧਰਮ ਕੀ ਸਾਰ ਨ ਜਾਣੈ ਸੁਰਤਿ ਮੁਕਤਿ ਕਿਉ ਪਾਈਐ ॥ ਨਾਨਕ ਗੁਰਮੁਖਿ ਸਬਦਿ ਪਛਾਣੈ ਅਹਿਨਿਸਿ ਨਾਮੁ ਧਿਆਈਐ ॥੧॥ ਮੇਰਾ ਮਨੋ ਮੇਰਾ ਮਨੁ ਮਾਨਿਆ ਨਾਮੁ ਸਖਾਈ ਰਾਮ ॥ ਹਉਮੈ ਮਮਤਾ ਮਾਇਆ ਸੰਗਿ ਨ ਜਾਈ ਰਾਮ ॥ ਮਾਤਾ ਪਿਤ ਭਾਈ ਸੁਤ ਚਤੁਰਾਈ ਸੰਗਿ ਨ ਸੰਪੈ ਨਾਰੇ ॥ ਸਾਇਰ ਕੀ ਪੁਤ੍ਰੀ ਪਰਹਰਿ ਤਿਆਗੀ ਚਰਣ ਤਲੈ ਵੀਚਾਰੇ ॥ ਆਦਿ ਪੁਰਖਿ ਇਕੁ ਚਲਤੁ ਦਿਖਾਇਆ ਜਹ ਦੇਖਾ ਤਹ ਸੋਈ ॥ ਨਾਨਕ ਹਰਿ ਕੀ ਭਗਤਿ ਨ ਛੋਡਉ ਸਹਜੇ ਹੋਇ ਸੁ ਹੋਈ ॥੨॥ ਮੇਰਾ ਮਨੋ ਮੇਰਾ ਮਨੁ ਨਿਰਮਲੁ ਸਾਚੁ ਸਮਾਲੇ ਰਾਮ ॥ ਅਵਗਣ ਮੇਟਿ ਚਲੇ ਗੁਣ ਸੰਗਮ ਨਾਲੇ ਰਾਮ ॥ ਅਵਗਣ ਪਰਹਰਿ ਕਰਣੀ ਸਾਰੀ ਦਰਿ ਸਚੈ ਸਚਿਆਰੋ ॥ ਆਵਣੁ ਜਾਵਣੁ ਠਾਕਿ ਰਹਾਏ ਗੁਰਮੁਖਿ ਤਤੁ ਵੀਚਾਰੋ ॥ ਸਾਜਨੁ ਮੀਤੁ ਸੁਜਾਣੁ ਸਖਾ ਤੂੰ ਸਚਿ ਮਿਲੈ ਵਡਿਆਈ ॥ ਨਾਨਕ ਨਾਮੁ ਰਤਨੁ ਪਰਗਾਸਿਆ ਐਸੀ ਗੁਰਮਤਿ ਪਾਈ ॥੩॥ ਸਚੁ ਅੰਜਨੋ ਅੰਜਨੁ ਸਾਰਿ ਨਿਰੰਜਨਿ ਰਾਤਾ ਰਾਮ ॥ ਮਨਿ ਤਨਿ ਰਵਿ ਰਹਿਆ ਜਗਜੀਵਨੋ ਦਾਤਾ ਰਾਮ ॥ ਜਗਜੀਵਨੁ ਦਾਤਾ ਹਰਿ ਮਨਿ ਰਾਤਾ ਸਹਜਿ ਮਿਲੈ ਮੇਲਾਇਆ ॥ ਸਾਧ ਸਭਾ ਸੰਤਾ ਕੀ ਸੰਗਤਿ ਨਦਰਿ ਪ੍ਰਭੂ ਸੁਖੁ ਪਾਇਆ ॥ ਹਰਿ ਕੀ ਭਗਤਿ ਰਤੇ ਬੈਰਾਗੀ ਚੂਕੇ ਮੋਹ ਪਿਆਸਾ ॥ ਨਾਨਕ ਹਉਮੈ ਮਾਰਿ ਪਤੀਣੇ ਵਿਰਲੇ ਦਾਸ ਉਦਾਸਾ ॥੪॥੩॥

ਰਾਗੁ ਆਸਾ ਮਹਲਾ ੧ ਛੰਤ ਘਰੁ ੨

ੴ ☬ ਸਤਿਗੁਰ ਪ੍ਰਸਾਦਿ ॥ ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ ॥ ਸਭਨਾ ਕਾ ਦਾਤਾ ਕਰਮ ਬਿਧਾਤਾ ਦੂਖ ਬਿਸਾਰਣਹਾਰੁ ਜੀਉ ॥ ਦੂਖ ਬਿਸਾਰਣਹਾਰੁ ਸੁਆਮੀ ਕੀਤਾ ਜਾ ਕਾ ਹੋਵੈ ॥ ਕੋਟ ਕੋਟੰਤਰ ਪਾਪਾ ਕੇਰੇ ਏਕ ਘੜੀ ਮਹਿ ਖੋਵੈ ॥ ਹੰਸ ਸਿ ਹੰਸਾ ਬਗ ਸਿ ਬਗਾ ਘਟ ਘਟ ਕਰੇ ਬੀਚਾਰੁ ਜੀਉ ॥ ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ ॥੧॥ ਜਿਨ੍ ਇਕ ਮਨਿ ਧਿਆਇਆ ਤਿਨ੍ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ ॥ ਤਿਨ ਜਮੁ ਨੇੜਿ ਨ ਆਵੈ ਗੁਰ ਸਬਦੁ ਕਮਾਵੈ ਕਬਹੁ ਨ ਆਵਹਿ ਹਾਰਿ ਜੀਉ ॥ ਤੇ ਕਬਹੁ ਨ ਹਾਰਹਿ ਹਰਿ ਹਰਿ ਗੁਣ ਸਾਰਹਿ ਤਿਨ੍ ਜਮੁ ਨੇੜਿ ਨ ਆਵੈ ॥ ਜੰਮਣੁ ਮਰਣੁ ਤਿਨ੍ਹਾ ਕਾ ਚੂਕਾ ਜੋ ਹਰਿ ਲਾਗੇ ਪਾਵੈ ॥ ਗੁਰਮਤਿ ਹਰਿ ਰਸੁ ਹਰਿ ਫਲੁ ਪਾਇਆ ਹਰਿ ਹਰਿ ਨਾਮੁ ਉਰ ਧਾਰਿ ਜੀਉ ॥ ਜਿਨ੍ ਇਕ ਮਨਿ ਧਿਆਇਆ ਤਿਨ੍ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ ॥੨॥ ਜਿਨਿ ਜਗਤੁ ਉਪਾਇਆ ਧੰਧੈ ਲਾਇਆ ਤਿਸੈ ਵਿਟਹੁ ਕੁਰਬਾਣੁ ਜੀਉ ॥ ਤਾ ਕੀ ਸੇਵ ਕਰੀਜੈ ਲਾਹਾ ਲੀਜੈ ਹਰਿ ਦਰਗਹ ਪਾਈਐ ਮਾਣੁ ਜੀਉ ॥ ਹਰਿ ਦਰਗਹ ਮਾਨੁ ਸੋਈ ਜਨੁ ਪਾਵੈ ਜੋ ਨਰੁ ਏਕੁ ਪਛਾਣੈ ॥ ਓਹੁ ਨਵ ਨਿਧਿ ਪਾਵੈ ਗੁਰਮਤਿ ਹਰਿ ਧਿਆਵੈ ਨਿਤ ਹਰਿ ਗੁਣ ਆਖਿ ਵਖਾਣੈ ॥ ਅਹਿਨਿਸਿ ਨਾਮੁ ਤਿਸੈ ਕਾ ਲੀਜੈ ਹਰਿ ਊਤਮੁ ਪੁਰਖੁ ਪਰਧਾਨੁ ਜੀਉ ॥ ਜਿਨਿ ਜਗਤੁ ਉਪਾਇਆ ਧੰਧੈ ਲਾਇਆ ਹਉ ਤਿਸੈ ਵਿਟਹੁ ਕੁਰਬਾਨੁ ਜੀਉ ॥੩॥ ਨਾਮੁ ਲੈਨਿ ਸਿ ਸੋਹਹਿ ਤਿਨ ਸੁਖ ਫਲ ਹੋਵਹਿ ਮਾਨਹਿ ਸੇ ਜਿਣਿ ਜਾਹਿ ਜੀਉ ॥ ਤਿਨ ਫਲ ਤੋਟਿ ਨ ਆਵੈ ਜਾ ਤਿਸੁ ਭਾਵੈ ਜੇ ਜੁਗ ਕੇਤੇ ਜਾਹਿ ਜੀਉ ॥ ਜੇ ਜੁਗ ਕੇਤੇ ਜਾਹਿ ਸੁਆਮੀ ਤਿਨ ਫਲ ਤੋਟਿ ਨ ਆਵੈ ॥ ਤਿਨ੍ ਜਰਾ ਨ ਮਰਣਾ ਨਰਕਿ ਨ ਪਰਣਾ ਜੋ ਹਰਿ ਨਾਮੁ ਧਿਆਵੈ ॥ ਹਰਿ ਹਰਿ ਕਰਹਿ ਸਿ ਸੂਕਹਿ ਨਾਹੀ ਨਾਨਕ ਪੀੜ ਨ ਖਾਹਿ ਜੀਉ ॥ ਨਾਮੁ ਲੈਨ੍ਹਿ ਸਿ ਸੋਹਹਿ ਤਿਨ੍ ਸੁਖ ਫਲ ਹੋਵਹਿ ਮਾਨਹਿ ਸੇ ਜਿਣਿ ਜਾਹਿ ਜੀਉ ॥੪॥ ੧॥੪॥

ੴ ☬ ਸਤਿਗੁਰ ਪ੍ਰਸਾਦਿ ॥ ਆਸਾ ਮਹਲਾ ੧ ਛੰਤ ਘਰੁ ੩ ॥ ਤੂੰ ਸੁਣਿ ਹਰਣਾ ਕਾਲਿਆ ਕੀ ਵਾੜੀਐ ਰਾਤਾ ਰਾਮ ॥ ਬਿਖੁ ਫਲੁ ਮੀਠਾ ਚਾਰਿ ਦਿਨ ਫਿਰਿ ਹੋਵੈ ਤਾਤਾ ਰਾਮ ॥ ਫਿਰਿ ਹੋਇ ਤਾਤਾ ਖਰਾ ਮਾਤਾ ਨਾਮ ਬਿਨੁ ਪਰਤਾਪਏ ॥ ਓਹੁ ਜੇਵ ਸਾਇਰ

ਦੇਇ ਲਹਰੀ ਬਿਜੁਲ ਜਿਵੈ ਚਮਕਏ ॥ ਹਰਿ ਬਾਝੁ ਰਾਖਾ ਕੋਇ ਨਾਹੀ ਸੋਇ ਤੁਝਹਿ ਬਿਸਾਰਿਆ ॥ ਸਚੁ ਕਹੈ ਨਾਨਕੁ ਚੇਤਿ ਰੇ ਮਨ ਮਰਹਿ ਹਰਣਾ ਕਾਲਿਆ ॥੧॥ ਭਵਰਾ ਫੂਲਿ ਭਵੰਤਿਆ ਦੁਖੁ ਅਤਿ ਭਾਰੀ ਰਾਮ ॥ ਮੈ ਗੁਰੁ ਪੂਛਿਆ ਆਪਣਾ ਸਾਚਾ ਬੀਚਾਰੀ ਰਾਮ ॥ ਬੀਚਾਰਿ ਸਤਿਗੁਰੁ ਮੁਝੈ ਪੂਛਿਆ ਭਵਰੁ ਬੇਲੀ ਰਾਤਓ ॥ ਸੂਰਜੁ ਚੜਿਆ ਪਿੰਡੁ ਪੜਿਆ ਤੇਲੁ ਤਾਵਣਿ ਤਾਤਓ ॥ ਜਮ ਮਗਿ ਬਾਧਾ ਖਾਹਿ ਚੋਟਾ ਸਬਦ ਬਿਨੁ ਬੇਤਾਲਿਆ ॥ ਸਚੁ ਕਹੈ ਨਾਨਕੁ ਚੇਤਿ ਰੇ ਮਨ ਮਰਹਿ ਭਵਰਾ ਕਾਲਿਆ ॥੨॥ ਮੇਰੇ ਜੀਅੜਿਆ ਪਰਦੇਸੀਆ ਕਿਤੁ ਪਵਹਿ ਜੰਜਾਲੇ ਰਾਮ ॥ ਸਾਚਾ ਸਾਹਿਬੁ ਮਨਿ ਵਸੈ ਕੀ ਫਾਸਹਿ ਜਮ ਜਾਲੇ ਰਾਮ ॥ ਮਛੁਲੀ ਵਿਛੁੰਨੀ ਨੈਣ ਰੁੰਨੀ ਜਾਲੁ ਬਧਿਕਿ ਪਾਇਆ ॥ ਸੰਸਾਰੁ ਮਾਇਆ ਮੋਹੁ ਮੀਠਾ ਅੰਤਿ ਭਰਮੁ ਚੁਕਾਇਆ ॥ ਭਗਤਿ ਕਰਿ ਚਿਤੁ ਲਾਇ ਹਰਿ ਸਿਉ ਛੋਡਿ ਮਨਹੁ ਅੰਦੇਸਿਆ ॥ ਸਚੁ ਕਹੈ ਨਾਨਕੁ ਚੇਤਿ ਰੇ ਮਨ ਜੀਅੜਿਆ ਪਰਦੇਸੀਆ ॥੩॥ ਨਦੀਆ ਵਾਹ ਵਿਛੁੰਨਿਆ ਮੇਲਾ ਸੰਜੋਗੀ ਰਾਮ ॥ ਜੁਗੁ ਜੁਗੁ ਮੀਠਾ ਵਿਸੁ ਭਰੇ ਕੋ ਜਾਣੈ ਜੋਗੀ ਰਾਮ ॥ ਕੋਈ ਸਹਜਿ ਜਾਣੈ ਹਰਿ ਪਛਾਣੈ ਸਤਿਗੁਰੂ ਜਿਨਿ ਚੇਤਿਆ ॥ ਬਿਨੁ ਨਾਮ ਹਰਿ ਕੇ ਭਰਮਿ ਭੂਲੇ ਪਚਹਿ ਮੁਗਧ ਅਚੇਤਿਆ ॥ ਹਰਿ ਨਾਮੁ ਭਗਤਿ ਨ ਰਿਦੈ ਸਾਚਾ ਸੇ ਅੰਤਿ ਧਾਹੀ ਰੁੰਨਿਆ ॥ ਸਚੁ ਕਹੈ ਨਾਨਕੁ ਸਬਦਿ ਸਾਚੈ ਮੇਲਿ ਚਿਰੀ ਵਿਛੁੰਨਿਆ ॥੪॥੧॥੫॥

ਅੰਗ ੪੩੯ ਤੋਂ ਆਸਾ ਮਹਲਾ ੩ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ ੪੯੨ ਤੱਕ ਹੈ।

ਅੰਗ 442 ਰਾਗੁ ਆਸਾ ਛੰਤ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 452 ਤੱਕ ਹੈ।

ਅੰਗ 452 ਤੋਂ ਰਾਗੁ ਆਸਾ ਮਹਲਾ ੫ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 462 ਤੱਕ ਹੈ।

ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ

ਅੰਗ 462 ਤੋਂ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ ॥ ਵਾਰ ਸ਼ੁਰੂ ਹੋ ਜਾਂਦੀ ਹੈ। ਇਸ ਵਾਰ ਵਿਚ ਪਹਿਲੇ ਅਤੇ ਦੂਜੇ ਪਾਤਸ਼ਾਹ ਦੇ ਸਲੋਕ ਹਨ ਅਤੇ ਇਹ ਵਾਰ ਅੰਗ 475 ਤੱਕ ਹੈ।

ੴ ☬ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਆਸਾ ਮਹਲਾ ੧ ॥ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ ॥ ਸਲੋਕੁ ਮਃ ੧ ॥ ਬਲਿਹਾਰੀ ਗੁਰ ਆਪਣੇ ਦਿਉਹਾੜੀ ਸਦ ਵਾਰ ॥ ਜਿਨਿ ਮਾਣਸ ਤੇ ਦੇਵਤੇ ਕੀਏ ਕਰਤ ਨ ਲਾਗੀ ਵਾਰ ॥੧॥

ਮਹਲਾ ੨ ॥ --

ਮਃ ੧ ॥ ਨਾਨਕ ਗੁਰੂ ਨ ਚੇਤਨੀ ਮਨਿ ਆਪਣੈ ਸੁਚੇਤ ॥ ਛੁਟੇ ਤਿਲ ਬੂਆੜ ਜਿਉ ਸੁੰਞੇ ਅੰਦਰਿ ਖੇਤ ॥ ਖੇਤੈ ਅੰਦਰਿ ਛੁਟਿਆ ਕਹੁ ਨਾਨਕ ਸਉ ਨਾਹ ॥ ਫਲੀਅਹਿ ਫੁਲੀਅਹਿ ਬਪੁੜੇ ਭੀ ਤਨ ਵਿਚਿ ਸੁਆਹ ॥੩॥ ਪਉੜੀ ॥ ਆਪੀਨ੍ਹੈ ਆਪੁ ਸਾਜਿਓ ਆਪੀਨ੍ਹੈ ਰਚਿਓ ਨਾਉ ॥ ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ ॥ ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ ॥ ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ ॥ ਕਰਿ ਆਸਣੁ ਡਿਠੋ ਚਾਉ ॥੧॥ ਸਲੋਕੁ ਮਃ ੧ ॥ ਸਚੇ ਤੇਰੇ ਖੰਡ ਸਚੇ ਬ੍ਰਹਮੰਡ ॥ ਸਚੇ ਤੇਰੇ ਲੋਅ

ਸਚੇ ਆਕਾਰ ॥ ਸਚੇ ਤੇਰੇ ਕਰਣੇ ਸਰਬ ਬੀਚਾਰ ॥ ਸਚਾ ਤੇਰਾ ਅਮਰੁ ਸਚਾ ਦੀਬਾਣੁ ॥ ਸਚਾ ਤੇਰਾ ਹੁਕਮੁ ਸਚਾ ਫੁਰਮਾਣੁ ॥ ਸਚਾ ਤੇਰਾ ਕਰਮੁ ਸਚਾ ਨੀਸਾਣੁ ॥ ਸਚੇ ਤੁਧੁ ਆਖਹਿ ਲਖ ਕਰੋੜਿ ॥ ਸਚੈ ਸਭਿ ਤਾਣਿ ਸਚੈ ਸਭਿ ਜੋਰਿ ॥ ਸਚੀ ਤੇਰੀ ਸਿਫਤਿ ਸਚੀ ਸਾਲਾਹ ॥ ਸਚੀ ਤੇਰੀ ਕੁਦਰਤਿ ਸਚੇ ਪਾਤਿਸਾਹ ॥ ਨਾਨਕ ਸਚੁ ਧਿਆਇਨਿ ਸਚੁ ॥ ਜੋ ਮਰਿ ਜੰਮੇ ਸੁ ਕਚੁ ਨਿਕਚੁ ॥੧॥ ਮਃ ੧ ॥ ਵਡੀ ਵਡਿਆਈ ਜਾ ਵਡਾ ਨਾਉ ॥ ਵਡੀ ਵਡਿਆਈ ਜਾ ਸਚੁ ਨਿਆਉ ॥ ਵਡੀ ਵਡਿਆਈ ਜਾ ਨਿਹਚਲ ਥਾਉ ॥ ਵਡੀ ਵਡਿਆਈ ਜਾਣੈ ਆਲਾਉ ॥ ਵਡੀ ਵਡਿਆਈ ਬੁਝੈ ਸਭਿ ਭਾਉ ॥ ਵਡੀ ਵਡਿਆਈ ਜਾ ਪੁਛਿ ਨ ਦਾਤਿ ॥ ਵਡੀ ਵਡਿਆਈ ਜਾ ਆਪੇ ਆਪਿ ॥ ਨਾਨਕ ਕਾਰ ਨ ਕਥਨੀ ਜਾਇ ॥ ਕੀਤਾ ਕਰਣਾ ਸਰਬ ਰਜਾਇ ॥੨॥

ਮਹਲਾ ੨ ॥ --

ਸਲੋਕ ਮਃ ੧ ॥ ਵਿਸਮਾਦੁ ਨਾਦ ਵਿਸਮਾਦੁ ਵੇਦ ॥ ਵਿਸਮਾਦੁ ਜੀਅ ਵਿਸਮਾਦੁ ਭੇਦ ॥ ਵਿਸਮਾਦੁ ਰੂਪ ਵਿਸਮਾਦੁ ਰੰਗ ॥ ਵਿਸਮਾਦੁ ਨਾਗੇ ਫਿਰਹਿ ਜੰਤ ॥ ਵਿਸਮਾਦੁ ਪਉਣੁ ਵਿਸਮਾਦੁ ਪਾਣੀ ॥ ਵਿਸਮਾਦੁ ਅਗਨੀ ਖੇਡਹਿ ਵਿਡਾਣੀ ॥ ਵਿਸਮਾਦੁ ਧਰਤੀ ਵਿਸਮਾਦੁ ਖਾਣੀ ॥ ਵਿਸਮਾਦੁ ਸਾਦਿ ਲਗਹਿ ਪਰਾਣੀ ॥ ਵਿਸਮਾਦੁ ਸੰਜੋਗੁ ਵਿਸਮਾਦੁ ਵਿਜੋਗੁ ॥ ਵਿਸਮਾਦੁ ਭੁਖ ਵਿਸਮਾਦੁ ਭੋਗੁ ॥ ਵਿਸਮਾਦੁ ਸਿਫਤਿ ਵਿਸਮਾਦੁ ਸਾਲਾਹ ॥ ਵਿਸਮਾਦੁ ਉਝੜ ਵਿਸਮਾਦੁ ਰਾਹ ॥ ਵਿਸਮਾਦੁ ਨੇੜੈ ਵਿਸਮਾਦੁ ਦੂਰਿ ॥ ਵਿਸਮਾਦੁ ਦੇਖੈ ਹਾਜਰਾ ਹਜੂਰਿ ॥ ਵੇਖਿ ਵਿਡਾਣੁ ਰਹਿਆ ਵਿਸਮਾਦੁ ॥ ਨਾਨਕ ਬੁਝਣੁ ਪੂਰੈ ਭਾਗਿ ॥੧॥ ਮਃ ੧ ॥ ਕੁਦਰਤਿ ਦਿਸੈ ਕੁਦਰਤਿ ਸੁਣੀਐ ਕੁਦਰਤਿ ਭਉ ਸੁਖ ਸਾਰੁ ॥ ਕੁਦਰਤਿ ਪਾਤਾਲੀ ਆਕਾਸੀ ਕੁਦਰਤਿ ਸਰਬ ਆਕਾਰੁ ॥ ਕੁਦਰਤਿ ਵੇਦ ਪੁਰਾਣ ਕਤੇਬਾ ਕੁਦਰਤਿ ਸਰਬ ਵੀਚਾਰੁ ॥ ਕੁਦਰਤਿ ਖਾਣਾ ਪੀਣਾ ਪੈਨ੍ਣੁ ਕੁਦਰਤਿ ਸਰਬ ਪਿਆਰੁ ॥ ਕੁਦਰਤਿ ਜਾਤੀ ਜਿਨਸੀ ਰੰਗੀ ਕੁਦਰਤਿ ਜੀਅ ਜਹਾਨ ॥ ਕੁਦਰਤਿ ਨੇਕੀਆ ਕੁਦਰਤਿ ਬਦੀਆ ਕੁਦਰਤਿ ਮਾਨੁ ਅਭਿਮਾਨੁ ॥ ਕੁਦਰਤਿ ਪਉਣੁ ਪਾਣੀ ਬੈਸੰਤਰੁ ਕੁਦਰਤਿ ਧਰਤੀ ਖਾਕੁ ॥ ਸਭ

ਤੇਰੀ ਕੁਦਰਤਿ ਤੂੰ ਕਾਦਿਰੁ ਕਰਤਾ ਪਾਕੀ ਨਾਈ ਪਾਕੁ ॥ ਨਾਨਕ ਹੁਕਮੈ ਅੰਦਰਿ ਵੇਖੈ ਵਰਤੈ ਤਾਕੋ ਤਾਕੁ ॥੨॥ ਪਉੜੀ ॥ ਆਪੀਨੈ੍ ਭੋਗ ਭੋਗਿ ਕੈ ਹੋਇ ਭਸਮੜਿ ਭਉਰੁ ਸਿਧਾਇਆ ॥ ਵਡਾ ਹੋਆ ਦੁਨੀਦਾਰੁ ਗਲਿ ਸੰਗਲੁ ਘਤਿ ਚਲਾਇਆ ॥ ਅਗੈ ਕਰਣੀ ਕੀਰਤਿ ਵਾਚੀਐ ਬਹਿ ਲੇਖਾ ਕਰਿ ਸਮਝਾਇਆ ॥ ਥਾਉ ਨ ਹੋਵੀ ਪਉਦੀਈ ਹੁਣਿ ਸੁਣੀਐ ਕਿਆ ਰੂਆਇਆ ॥ ਮਨਿ ਅੰਧੈ ਜਨਮੁ ਗਵਾਇਆ ॥੩॥ ਸਲੋਕ ਮਃ ੧ ॥ ਭੈ ਵਿਚਿ ਪਵਣੁ ਵਹੈ ਸਦਵਾਉ ॥ ਭੈ ਵਿਚਿ ਚਲਹਿ ਲਖ ਦਰੀਆਉ ॥ ਭੈ ਵਿਚਿ ਅਗਨਿ ਕਢੈ ਵੇਗਾਰਿ ॥ ਭੈ ਵਿਚਿ ਧਰਤੀ ਦਬੀ ਭਾਰਿ ॥ ਭੈ ਵਿਚਿ ਇੰਦੁ ਫਿਰੈ ਸਿਰ ਭਾਰਿ ॥ ਭੈ ਵਿਚਿ ਰਾਜਾ ਧਰਮੁ ਦੁਆਰੁ ॥ ਭੈ ਵਿਚਿ ਸੂਰਜੁ ਭੈ ਵਿਚਿ ਚੰਦੁ ॥ ਕੋਹ ਕਰੋੜੀ ਚਲਤ ਨ ਅੰਤੁ ॥ ਭੈ ਵਿਚਿ ਸਿਧ ਬੁਧ ਸੁਰ ਨਾਥ ॥ ਭੈ ਵਿਚਿ ਆਡਾਣੇ ਆਕਾਸ ॥ ਭੈ ਵਿਚਿ ਜੋਧ ਮਹਾਬਲ ਸੂਰ ॥ ਭੈ ਵਿਚਿ ਆਵਹਿ ਜਾਵਹਿ ਪੂਰ ॥ ਸਗਲਿਆ ਭਉ ਲਿਖਿਆ ਸਿਰਿ ਲੇਖੁ ॥ ਨਾਨਕ ਨਿਰਭਉ ਨਿਰੰਕਾਰੁ ਸਚੁ ਏਕੁ ॥੧॥ ਮਃ ੧ ॥ ਨਾਨਕ ਨਿਰਭਉ ਨਿਰੰਕਾਰੁ ਹੋਰਿ ਕੇਤੇ ਰਾਮ ਰਵਾਲ ॥ ਕੇਤੀਆ ਕੰਨ੍ ਕਹਾਣੀਆ ਕੇਤੇ ਬੇਦ ਬੀਚਾਰ ॥ ਕੇਤੇ ਨਚਹਿ ਮੰਗਤੇ ਗਿੜਿ ਮੁੜਿ ਪੂਰਹਿ ਤਾਲ ॥ ਬਾਜਾਰੀ ਬਾਜਾਰ ਮਹਿ ਆਇ ਕਢਹਿ ਬਾਜਾਰ ॥ ਗਾਵਹਿ ਰਾਜੇ ਰਾਣੀਆ ਬੋਲਹਿ ਆਲ ਪਤਾਲ ॥ ਲਖ ਟਕਿਆ ਕੇ ਮੁੰਦੜੇ ਲਖ ਟਕਿਆ ਕੇ ਹਾਰ ॥ ਜਿਤੁ ਤਨਿ ਪਾਈਅਹਿ ਨਾਨਕਾ ਸੇ ਤਨ ਹੋਵਹਿ ਛਾਰ ॥ ਗਿਆਨੁ ਨ ਗਲੀਈ ਢੂਢੀਐ ਕਥਨਾ ਕਰੜਾ ਸਾਰੁ ॥ ਕਰਮਿ ਮਿਲੈ ਤਾ ਪਾਈਐ ਹੋਰ ਹਿਕਮਤਿ ਹੁਕਮੁ ਖੁਆਰੁ ॥੨॥ ਪਉੜੀ ॥ ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ ॥ ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ ॥ ਸਤਿਗੁਰ ਜੇਵਡੁ ਦਾਤਾ ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ੀ ਵਿਚਹੁ ਆਪੁ ਗਵਾਇਆ ॥ ਜਿਨਿ ਸਚੋ ਸਚੁ ਬੁਝਾਇਆ ॥੪॥ ਸਲੋਕ ਮਃ ੧ ॥ ਘੜੀਆ ਸਭੇ ਗੋਪੀਆ ਪਹਰ ਕੰਨ੍ ਗੋਪਾਲ ॥ ਗਹਣੇ ਪਉਣੁ ਪਾਣੀ ਬੈਸੰਤਰੁ ਚੰਦੁ ਸੂਰਜੁ ਅਵਤਾਰ ॥ ਸਗਲੀ ਧਰਤੀ ਮਾਲੁ ਧਨੁ ਵਰਤਣਿ ਸਰਬ ਜੰਜਾਲ ॥ ਨਾਨਕ ਮੁਸੈ ਗਿਆਨ ਵਿਹੂਣੀ ਖਾਇ ਗਇਆ ਜਮਕਾਲੁ ॥੧॥ ਮਃ ੧ ॥ ਵਾਇਨਿ ਚੇਲੇ ਨਚਨਿ ਗੁਰ ॥ ਪੈਰ ਹਲਾਇਨਿ ਫੇਰਨਿ੍ ਸਿਰ ॥ ਉਡਿ ਉਡਿ ਰਾਵਾ ਝਾਟੈ ਪਾਇ

॥ ਵੇਖੈ ਲੋਕੁ ਹਸੈ ਘਰਿ ਜਾਇ ॥ ਰੋਟੀਆ ਕਾਰਣਿ ਪੂਰਹਿ ਤਾਲ ॥ ਆਪੁ ਪਛਾੜਹਿ ਧਰਤੀ ਨਾਲਿ ॥ ਗਾਵਨਿ ਗੋਪੀਆ ਗਾਵਨਿ ਕਾਨ੍ ॥ ਗਾਵਨਿ ਸੀਤਾ ਰਾਜੇ ਰਾਮ ॥ ਨਿਰਭਉ ਨਿਰੰਕਾਰੁ ਸਚੁ ਨਾਮੁ ॥ ਜਾ ਕਾ ਕੀਆ ਸਗਲ ਜਹਾਨੁ ॥ ਸੇਵਕ ਸੇਵਹਿ ਕਰਮਿ ਚੜਾਉ ॥ ਭਿੰਨੀ ਰੈਣਿ ਜਿਨ੍ਾ ਮਨਿ ਚਾਉ ॥ ਸਿਖੀ ਸਿਖਿਆ ਗੁਰ ਵੀਚਾਰਿ ॥ ਨਦਰੀ ਕਰਮਿ ਲਘਾਏ ਪਾਰਿ ॥ ਕੋਲੂ ਚਰਖਾ ਚਕੀ ਚਕੁ ॥ ਥਲ ਵਾਰੋਲੇ ਬਹੁਤੁ ਅਨੰਤੁ ॥ ਲਾਟੂ ਮਾਧਾਣੀਆ ਅਨਗਾਹ ॥ ਪੰਖੀ ਭਉਦੀਆ ਲੈਨਿ ਨ ਸਾਹ ॥ ਸੂਐ ਚਾੜਿ ਭਵਾਈਅਹਿ ਜੰਤ ॥ ਨਾਨਕ ਭਉਦਿਆ ਗਣਤ ਨ ਅੰਤ ॥ ਬੰਧਨ ਬੰਧਿ ਭਵਾਏ ਸੋਇ ॥ ਪਇਐ ਕਿਰਤਿ ਨਚੈ ਸਭੁ ਕੋਇ ॥ ਨਚਿ ਨਚਿ ਹਸਹਿ ਚਲਹਿ ਸੇ ਰੋਇ ॥ ਉਡਿ ਨ ਜਾਹੀ ਸਿਧ ਨ ਹੋਹਿ ॥ ਨਚਣੁ ਕੁਦਣੁ ਮਨ ਕਾ ਚਾਉ ॥ ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ ॥੨॥ ਪਉੜੀ ॥ ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ ॥ ਜੀਉ ਪਿੰਡੁ ਸਭੁ ਤਿਸ ਦਾ ਦੇ ਖਾਜੈ ਆਖਿ ਗਵਾਈਐ ॥ ਜੇ ਲੋੜਹਿ ਚੰਗਾ ਆਪਣਾ ਕਰਿ ਪੁੰਨਹੁ ਨੀਚੁ ਸਦਾਈਐ ॥ ਜੇ ਜਰਵਾਣਾ ਪਰਹਰੈ ਜਰੁ ਵੇਸ ਕਰੇਦੀ ਆਈਐ ॥ ਕੋ ਰਹੈ ਨ ਭਰੀਐ ਪਾਈਐ ॥੫॥ ਸਲੋਕ ਮਃ ੧ ॥ ਮੁਸਲਮਾਨਾ ਸਿਫਤਿ ਸਰੀਅਤਿ ਪੜਿ ਪੜਿ ਕਰਹਿ ਬੀਚਾਰੁ ॥ ਬੰਦੇ ਸੇ ਜਿ ਪਵਹਿ ਵਿਚਿ ਬੰਦੀ ਵੇਖਣ ਕਉ ਦੀਦਾਰੁ ॥ ਹਿੰਦੂ ਸਾਲਾਹੀ ਸਾਲਾਹਨਿ ਦਰਸਨਿ ਰੂਪਿ ਅਪਾਰੁ ॥ ਤੀਰਥਿ ਨਾਵਹਿ ਅਰਚਾ ਪੂਜਾ ਅਗਰ ਵਾਸੁ ਬਹਕਾਰੁ ॥ ਜੋਗੀ ਸੁੰਨਿ ਧਿਆਵਨ੍ਿ ਜੇਤੇ ਅਲਖ ਨਾਮੁ ਕਰਤਾਰੁ ॥ ਸੂਖਮ ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ ॥ ਸਤੀਆ ਮਨਿ ਸੰਤੋਖੁ ਉਪਜੈ ਦੇਣੈ ਕੈ ਵੀਚਾਰਿ ॥ ਦੇ ਦੇ ਮੰਗਹਿ ਸਹਸਾ ਗੂਣਾ ਸੋਭ ਕਰੇ ਸੰਸਾਰੁ ॥ ਚੋਰਾ ਜਾਰਾ ਤੈ ਕੂੜਿਆਰਾ ਖਾਰਾਬਾ ਵੇਕਾਰ ॥ ਇਕਿ ਹੋਦਾ ਖਾਇ ਚਲਹਿ ਐਥਾਊ ਤਿਨਾ ਭਿ ਕਾਈ ਕਾਰ ॥ ਜਲਿ ਥਲਿ ਜੀਆ ਪੁਰੀਆ ਲੋਆ ਆਕਾਰਾ ਆਕਾਰ ॥ ਓਇ ਜਿ ਆਖਹਿ ਸੁ ਤੂੰਹੈ ਜਾਣਹਿ ਤਿਨਾ ਭਿ ਤੇਰੀ ਸਾਰ ॥ ਨਾਨਕ ਭਗਤਾ ਭੁਖ ਸਾਲਾਹਣੁ ਸਚੁ ਨਾਮੁ ਆਧਾਰੁ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣਵੰਤਿਆ ਪਾ ਛਾਰੁ ॥੧॥ ਮਃ ੧ ॥ ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਹਿਆਰ ॥ ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ ॥ ਜਲਿ ਜਲਿ ਰੋਵੈ ਬਪੁੜੀ ਝੜਿ ਝੜਿ ਪਵਹਿ ਅੰਗਿਆਰ ॥ ਨਾਨਕ ਜਿਨਿ ਕਰਤੈ ਕਾਰਣੁ ਕੀਆ ਸੋ ਜਾਣੈ ਕਰਤਾਰੁ ॥੨॥

ਪਉੜੀ ॥ ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ ॥ ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ ॥ ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ ॥ ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ ॥ ਜਗਜੀਵਨੁ ਦਾਤਾ ਪਾਇਆ ॥੬॥ ਸਲੋਕ ਮਃ ੧ ॥ ਹਉ ਵਿਚਿ ਆਇਆ ਹਉ ਵਿਚਿ ਗਇਆ ॥ ਹਉ ਵਿਚਿ ਜੰਮਿਆ ਹਉ ਵਿਚਿ ਮੁਆ ॥ ਹਉ ਵਿਚਿ ਦਿਤਾ ਹਉ ਵਿਚਿ ਲਇਆ ॥ ਹਉ ਵਿਚਿ ਖਟਿਆ ਹਉ ਵਿਚਿ ਗਇਆ ॥ ਹਉ ਵਿਚਿ ਸਚਿਆਰੁ ਕੂੜਿਆਰੁ ॥ ਹਉ ਵਿਚਿ ਪਾਪ ਪੁੰਨ ਵੀਚਾਰੁ ॥ ਹਉ ਵਿਚਿ ਨਰਕਿ ਸੁਰਗਿ ਅਵਤਾਰੁ ॥ ਹਉ ਵਿਚਿ ਹਸੈ ਹਉ ਵਿਚਿ ਰੋਵੈ ॥ ਹਉ ਵਿਚਿ ਭਰੀਐ ਹਉ ਵਿਚਿ ਧੋਵੈ ॥ ਹਉ ਵਿਚਿ ਜਾਤੀ ਜਿਨਸੀ ਖੋਵੈ ॥ ਹਉ ਵਿਚਿ ਮੂਰਖੁ ਹਉ ਵਿਚਿ ਸਿਆਣਾ ॥ ਮੋਖ ਮੁਕਤਿ ਕੀ ਸਾਰ ਨ ਜਾਣਾ ॥ ਹਉ ਵਿਚਿ ਮਾਇਆ ਹਉ ਵਿਚਿ ਛਾਇਆ ॥ ਹਉਮੈ ਕਰਿ ਕਰਿ ਜੰਤ ਉਪਾਇਆ ॥ ਹਉਮੈ ਬੂਝੈ ਤਾ ਦਰੁ ਸੂਝੈ ॥ ਗਿਆਨ ਵਿਹੂਣਾ ਕਥਿ ਕਥਿ ਲੂਝੈ ॥ ਨਾਨਕ ਹੁਕਮੀ ਲਿਖੀਐ ਲੇਖੁ ॥ ਜੇਹਾ ਵੇਖਹਿ ਤੇਹਾ ਵੇਖੁ ॥੧॥

ਮਹਲਾ ੨ ॥ ---

ਸਲੋਕ ਮਃ ੧ ॥ ਪੁਰਖਾਂ ਬਿਰਖਾਂ ਤੀਰਥਾਂ ਤਟਾਂ ਮੇਘਾਂ ਖੇਤਾਂਹ ॥ ਦੀਪਾਂ ਲੋਆਂ ਮੰਡਲਾਂ ਖੰਡਾਂ ਵਰਭੰਡਾਂਹ ॥ ਅੰਡਜ ਜੇਰਜ ਉਤਭੁਜਾਂ ਖਾਣੀ ਸੇਤਜਾਂਹ ॥ ਸੋ ਮਿਤਿ ਜਾਣੈ ਨਾਨਕਾ ਸਰਾਂ ਮੇਰਾਂ ਜੰਤਾਹ ॥ ਨਾਨਕ ਜੰਤ ਉਪਾਇ ਕੈ ਸੰਮਾਲੇ ਸਭਨਾਹ ॥ ਜਿਨਿ ਕਰਤੈ ਕਰਣਾ ਕੀਆ ਚਿੰਤਾ ਭਿ ਕਰਣੀ ਤਾਹ ॥ ਸੋ ਕਰਤਾ ਚਿੰਤਾ ਕਰੇ ਜਿਨਿ ਉਪਾਇਆ ਜਗੁ ॥ ਤਿਸੁ ਜੋਹਾਰੀ ਸੁਅਸਤਿ ਤਿਸੁ ਤਿਸੁ ਦੀਬਾਣੁ ਅਭਗੁ ॥ ਨਾਨਕ ਸਚੇ ਨਾਮ ਬਿਨੁ ਕਿਆ ਟਿਕਾ ਕਿਆ ਤਗੁ ॥੧॥ ਮਃ ੧ ॥ ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ ॥ ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ ॥ ਲਖ ਸੂਰਤਣ ਸੰਗਰਾਮ ਰਣ ਮਹਿ ਛੁਟਹਿ ਪਰਾਣ ॥ ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ ॥ ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ ॥ ਨਾਨਕ ਮਤੀ ਮਿਥਿਆ ਕਰਮੁ ਸਚਾ

ਨੀਸਾਣੁ ॥੨॥ ਪਉੜੀ ॥ ਸਚਾ ਸਾਹਿਬੁ ਏਕੁ ਤੂੰ ਜਿਨਿ ਸਚੋ ਸਚੁ ਵਰਤਾਇਆ ॥ ਜਿਸੁ ਤੂੰ ਦੇਹਿ ਤਿਸੁ ਮਿਲੈ ਸਚੁ ਤਾ ਤਿਨ੍ਹੀ ਸਚੁ ਕਮਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ ਕੈ ਹਿਰਦੈ ਸਚੁ ਵਸਾਇਆ ॥ ਮੂਰਖ ਸਚੁ ਨ ਜਾਣਨ੍ਹੀ ਮਨਮੁਖੀ ਜਨਮੁ ਗਵਾਇਆ ॥ ਵਿਚਿ ਦੁਨੀਆ ਕਾਹੇ ਆਇਆ ॥੮॥ ਸਲੋਕੁ ਮਃ ੧ ॥ ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ ॥ ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ ॥ ਪੜੀਅਹਿ ਜੇਤੇ ਬਰਸ ਬਰਸ ਪੜੀਅਹਿ ਜੇਤੇ ਮਾਸ ॥ ਪੜੀਐ ਜੇਤੀ ਆਰਜਾ ਪੜੀਅਹਿ ਜੇਤੇ ਸਾਸ ॥ ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ ॥੧॥ ਮਃ ੧ ॥ ਲਿਖਿ ਲਿਖਿ ਪੜਿਆ ॥ ਤੇਤਾ ਕੜਿਆ ॥ ਬਹੁ ਤੀਰਥ ਭਵਿਆ ॥ ਤੇਤੋ ਲਵਿਆ ॥ ਬਹੁ ਭੇਖ ਕੀਆ ਦੇਹੀ ਦੁਖੁ ਦੀਆ ॥ ਸਹੁ ਵੇ ਜੀਆ ਅਪਣਾ ਕੀਆ ॥ ਅੰਨੁ ਨ ਖਾਇਆ ਸਾਦੁ ਗਵਾਇਆ ॥ ਬਹੁ ਦੁਖੁ ਪਾਇਆ ਦੂਜਾ ਭਾਇਆ ॥ ਬਸਤ੍ਰ ਨ ਪਹਿਰੈ ॥ ਅਹਿਨਿਸਿ ਕਹਰੈ ॥ ਮੋਨਿ ਵਿਗੂਤਾ ॥ ਕਿਉ ਜਾਗੈ ਗੁਰ ਬਿਨੁ ਸੂਤਾ ॥ ਪਗ ਉਪੇਤਾਣਾ ॥ ਅਪਣਾ ਕੀਆ ਕਮਾਣਾ ॥ ਅਲੁ ਮਲੁ ਖਾਈ ਸਿਰਿ ਛਾਈ ਪਾਈ ॥ ਮੂਰਖਿ ਅੰਧੈ ਪਤਿ ਗਵਾਈ ॥ ਵਿਣੁ ਨਾਵੈ ਕਿਛੁ ਥਾਇ ਨ ਪਾਈ ॥ ਰਹੈ ਬੇਬਾਣੀ ਮੜੀ ਮਸਾਣੀ ॥ ਅੰਧੁ ਨ ਜਾਣੈ ਫਿਰਿ ਪਛੁਤਾਣੀ ॥ ਸਤਿਗੁਰੁ ਭੇਟੇ ਸੋ ਸੁਖੁ ਪਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥ ਨਾਨਕ ਨਦਰਿ ਕਰੇ ਸੋ ਪਾਏ ॥ ਆਸ ਅੰਦੇਸੇ ਤੇ ਨਿਹਕੇਵਲੁ ਹਉਮੈ ਸਬਦਿ ਜਲਾਏ ॥੨॥ ਪਉੜੀ ॥ ਭਗਤ ਤੇਰੈ ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ ॥ ਨਾਨਕ ਕਰਮਾ ਬਾਹਰੇ ਦਰਿ ਢੋਅ ਨ ਲਹਨ੍ਹੀ ਧਾਵਦੇ ॥ ਇਕਿ ਮੂਲੁ ਨ ਬੁਝਨ੍ਹਿ ਆਪਣਾ ਅਣਹੋਦਾ ਆਪੁ ਗਣਾਇਦੇ ॥ ਹਉ ਢਾਢੀ ਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ ॥ ਤਿਨ੍ ਮੰਗਾ ਜਿ ਤੁਝੈ ਧਿਆਇਦੇ ॥ ੯॥ ਸਲੋਕੁ ਮਃ ੧ ॥ ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ ॥ ਕੂੜੁ ਮੰਡਪ ਕੂੜੁ ਮਾੜੀ ਕੂੜੁ ਬੈਸਣਹਾਰੁ ॥ ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਹਣਹਾਰੁ ॥ ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ ॥ ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ ॥ ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ ॥ ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ ॥ ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ ॥ ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ ॥੧॥ ਮਃ ੧ ॥ ਸਚੁ ਤਾ ਪਰੁ ਜਾਣੀਐ

ਜਾ ਰਿਦੈ ਸਚਾ ਹੋਇ ॥ ਕੂੜ ਕੀ ਮਲੁ ਉਤਰੈ ਤਨੁ ਕਰੇ ਹਛਾ ਧੋਇ ॥ ਸਚੁ ਤਾ ਪਰੁ ਜਾਣੀਐ ਜਾ ਸਚਿ ਧਰੇ ਪਿਆਰੁ ॥ ਨਾਉ ਸੁਣਿ ਮਨੁ ਰਹਸੀਐ ਤਾ ਪਾਏ ਮੋਖ ਦੁਆਰੁ ॥ ਸਚੁ ਤਾ ਪਰੁ ਜਾਣੀਐ ਜਾ ਜੁਗਤਿ ਜਾਣੈ ਜੀਉ ॥ ਧਰਤਿ ਕਾਇਆ ਸਾਧ ਕੈ ਵਿਚਿ ਦੇਇ ਕਰਤਾ ਬੀਉ ॥ ਸਚੁ ਤਾ ਪਰੁ ਜਾਣੀਐ ਜਾ ਸਿਖ ਸਚੀ ਲੇਇ ॥ ਦਇਆ ਜਾਣੈ ਜੀਅ ਕੀ ਕਿਛੁ ਪੁੰਨੁ ਦਾਨੁ ਕਰੇਇ ॥ ਸਚੁ ਤਾਂ ਪਰੁ ਜਾਣੀਐ ਜਾ ਆਤਮ ਤੀਰਥਿ ਕਰੇ ਨਿਵਾਸੁ ॥ ਸਤਿਗੁਰੂ ਨੋ ਪੁਛਿ ਕੈ ਬਹਿ ਰਹੈ ਕਰੇ ਨਿਵਾਸੁ ॥ ਸਚੁ ਸਭਨਾ ਹੋਇ ਦਾਰੂ ਪਾਪ ਕਢੈ ਧੋਇ ॥ ਨਾਨਕੁ ਵਖਾਣੈ ਬੇਨਤੀ ਜਿਨ ਸਚੁ ਪਲੈ ਹੋਇ ॥੨॥ ਪਉੜੀ ॥ ਦਾਨੁ ਮਹਿੰਡਾ ਤਲੀ ਖਾਕੁ ਜੇ ਮਿਲੈ ਤ ਮਸਤਕਿ ਲਾਈਐ ॥ ਕੂੜਾ ਲਾਲਚੁ ਛਡੀਐ ਹੋਇ ਇਕ ਮਨਿ ਅਲਖੁ ਧਿਆਈਐ ॥ ਫਲੁ ਤੇਵਹੋ ਪਾਈਐ ਜੇਵੇਹੀ ਕਾਰ ਕਮਾਈਐ ॥ ਜੇ ਹੋਵੈ ਪੂਰਬਿ ਲਿਖਿਆ ਤਾ ਧੂੜਿ ਤਿਨ੍ਾ ਦੀ ਪਾਈਐ ॥ ਮਤਿ ਥੋੜੀ ਸੇਵ ਗਵਾਈਐ ॥੧੦॥ ਸਲੋਕੁ ਮਃ ੧ ॥ ਸਚਿ ਕਾਲੁ ਕੂੜੁ ਵਰਤਿਆ ਕਲਿ ਕਾਲਖ ਬੇਤਾਲ ॥ ਬੀਉ ਬੀਜਿ ਪਤਿ ਲੈ ਗਏ ਅਬ ਕਿਉ ਉਗਵੈ ਦਾਲਿ ॥ ਜੇ ਇਕੁ ਹੋਇ ਤ ਉਗਵੈ ਰੁਤੀ ਹੂ ਰੁਤਿ ਹੋਇ ॥ ਨਾਨਕ ਪਾਹੈ ਬਾਹਰਾ ਕੋਰੈ ਰੰਗੁ ਨ ਸੋਇ ॥ ਭੈ ਵਿਚਿ ਖੁੰਬਿ ਚੜਾਈਐ ਸਰਮੁ ਪਾਹੁ ਤਨਿ ਹੋਇ ॥ ਨਾਨਕ ਭਗਤੀ ਜੇ ਰਪੈ ਕੂੜੈ ਸੋਇ ਨ ਕੋਇ ॥੧॥ ਮਃ ੧ ॥ ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ ॥ ਕਾਮੁ ਨੇਬੁ ਸਦਿ ਪੁਛੀਐ ਬਹਿ ਬਹਿ ਕਰੇ ਬੀਚਾਰੁ ॥ ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ ॥ ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ ਸੀਗਾਰੁ ॥ ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ ॥ ਮੂਰਖ ਪੰਡਿਤ ਹਿਕਮਤਿ ਹੁਜਤਿ ਸੰਜੈ ਕਰਹਿ ਪਿਆਰੁ ॥ ਧਰਮੀ ਧਰਮੁ ਕਰਹਿ ਗਾਵਾਵਹਿ ਮੰਗਹਿ ਮੋਖ ਦੁਆਰੁ ॥ ਜਤੀ ਸਦਾਵਹਿ ਜੁਗਤਿ ਨ ਜਾਣਹਿ ਛਡਿ ਬਹਹਿ ਘਰ ਬਾਰੁ ॥ ਸਭੁ ਕੋ ਪੂਰਾ ਆਪੇ ਹੋਵੈ ਘਟਿ ਨ ਕੋਈ ਆਖੈ ॥ ਪਤਿ ਪਰਵਾਣਾ ਪਿਛੈ ਪਾਈਐ ਤਾ ਨਾਨਕ ਤੋਲਿਆ ਜਾਪੈ ॥੨॥ ਮਃ ੧ ॥ ਵਦੀ ਸੁ ਵਜਗਿ ਨਾਨਕਾ ਸਚਾ ਵੇਖੈ ਸੋਇ ॥ ਸਭਨੀ ਛਾਲਾ ਮਾਰੀਆ ਕਰਤਾ ਕਰੇ ਸੁ ਹੋਇ ॥ ਅਗੈ ਜਾਤਿ ਨ ਜੋਰੁ ਹੈ ਅਗੈ ਜੀਉ ਨਵੇ ॥ ਜਿਨ ਕੀ ਲੇਖੈ ਪਤਿ ਪਵੈ ਚੰਗੇ ਸੇਈ ਕੇਇ ॥੩॥ ਪਉੜੀ ॥ ਧੁਰਿ ਕਰਮੁ ਜਿਨਾ ਕਉ ਤੁਧੁ ਪਾਇਆ ਤਾ ਤਿਨੀ ਖਸਮੁ ਧਿਆਇਆ ॥ ਏਨਾ ਜੰਤਾ ਕੈ ਵਸਿ ਕਿਛੁ ਨਾਹੀ

ਤੁਧੁ ਵੇਕੀ ਜਗਤੁ ਉਪਾਇਆ ॥ ਇਕਨਾ ਨੋ ਤੂੰ ਮੇਲਿ ਲੈਹਿ ਇਕਿ ਆਪਹੁ ਤੁਧੁ ਖੁਆਇਆ ॥ ਗੁਰ ਕਿਰਪਾ ਤੇ ਜਾਣਿਆ ਜਿਥੈ ਤੁਧੁ ਆਪੁ ਬੁਝਾਇਆ ॥ ਸਹਜੇ ਹੀ ਸਚਿ ਸਮਾਇਆ ॥੧੧॥ ਸਲੋਕੁ ਮਃ ੧ ॥ ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ ਰਹਾਉ ॥ ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥

ਮਹਲਾ ੨ ॥ ---

ਮਃ ੧ ॥ ਕੁੰਭੇ ਬਧਾ ਜਲੁ ਰਹੈ ਜਲ ਬਿਨੁ ਕੁੰਭੁ ਨ ਹੋਇ ॥ ਗਿਆਨ ਕਾ ਬਧਾ ਮਨੁ ਰਹੈ ਗੁਰ ਬਿਨੁ ਗਿਆਨੁ ਨ ਹੋਇ ॥੫॥ ਪਉੜੀ ॥ ਪੜਿਆ ਹੋਵੈ ਗੁਨਹਗਾਰੁ ਤਾ ਓਮੀ ਸਾਧੁ ਨ ਮਾਰੀਐ ॥ ਜੇਹਾ ਘਾਲੇ ਘਾਲਣਾ ਤੇਵੇਹੋ ਨਾਉ ਪਚਾਰੀਐ ॥ ਐਸੀ ਕਲਾ ਨ ਖੇਡੀਐ ਜਿਤੁ ਦਰਗਹ ਗਇਆ ਹਾਰੀਐ ॥ ਪੜਿਆ ਅਤੈ ਓਮੀਆ ਵੀਚਾਰੁ ਅਗੈ ਵੀਚਾਰੀਐ ॥ ਮੁਹਿ ਚਲੈ ਸੁ ਅਗੈ ਮਾਰੀਐ ॥੧੨॥ ਸਲੋਕੁ ਮਃ ੧ ॥ ਨਾਨਕ ਮੇਰੁ ਸਰੀਰ ਕਾ ਇਕੁ ਰਥੁ ਇਕੁ ਰਥਵਾਹੁ ॥ ਜੁਗੁ ਜੁਗੁ ਫੇਰਿ ਵਟਾਈਅਹਿ ਗਿਆਨੀ ਬੁਝਹਿ ਤਾਹਿ ॥ ਸਤਜੁਗਿ ਰਥੁ ਸੰਤੋਖੁ ਕਾ ਧਰਮੁ ਅਗੈ ਰਥਵਾਹੁ ॥ ਤ੍ਰੇਤੈ ਰਥੁ ਜਤੈ ਕਾ ਜੋਰੁ ਅਗੈ ਰਥਵਾਹੁ ॥ ਦੁਆਪੁਰਿ ਰਥੁ ਤਪੈ ਕਾ ਸਤੁ ਅਗੈ ਰਥਵਾਹੁ ॥ ਕਲਜੁਗਿ ਰਥੁ ਅਗਨਿ ਕਾ ਕੂੜੁ ਅਗੈ ਰਥਵਾਹੁ ॥੧॥ ਮਃ ੧ ॥ ਸਾਮ ਕਹੈ ਸੇਤੰਬਰੁ ਸੁਆਮੀ ਸਚ ਮਹਿ ਆਛੈ ਸਾਚਿ ਰਹੇ ॥ ਸਭੁ ਕੋ ਸਚਿ ਸਮਾਵੈ ॥ ਰਿਗੁ ਕਹੈ ਰਹਿਆ ਭਰਪੂਰਿ ॥ ਰਾਮ ਨਾਮੁ ਦੇਵਾ ਮਹਿ ਸੂਰੁ ॥ ਨਾਇ ਲਇਐ ਪਰਾਛਤ ਜਾਹਿ ॥ ਨਾਨਕ ਤਉ ਮੋਖੰਤਰੁ ਪਾਹਿ ॥ ਜੁਜ ਮਹਿ ਜੋਰਿ ਛਲੀ ਚੰਦ੍ਰਾਵਲਿ ਕਾਨ੍ ਕ੍ਰਿਸਨੁ ਜਾਦਮੁ ਭਇਆ ॥ ਪਾਰਜਾਤੁ ਗੋਪੀ ਲੈ ਆਇਆ ਬਿੰਦ੍ਰਾਬਨ ਮਹਿ ਰੰਗੁ ਕੀਆ ॥ ਕਲਿ ਮਹਿ ਬੇਦੁ ਅਥਰਬਣੁ ਹੂਆ ਨਾਉ ਖੁਦਾਈ ਅਲਹੁ ਭਇਆ ॥ ਨੀਲ ਬਸਤ੍ਰ ਲੇ ਕਪੜੇ ਪਹਿਰੇ ਤੁਰਕ ਪਠਾਣੀ

ਅਮਲੁ ਕੀਆ ॥ ਚਾਰੇ ਵੇਦ ਹੋਏ ਸਚਿਆਰ ॥ ਪੜਹਿ ਗੁਣਹਿ ਤਿਨ੍ ਚਾਰ ਵੀਚਾਰ ॥ ਭਉ ਭਗਤਿ ਕਰਿ ਨੀਚੁ ਸਦਾਏ ॥ ਤਉ ਨਾਨਕ ਮੋਖੰਤਰੁ ਪਾਏ ॥੨॥ ਪਉੜੀ ॥ ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ ॥ ਜਿਨਿ ਕਰਿ ਉਪਦੇਸੁ ਗਿਆਨ ਅੰਜਨੁ ਦੀਆ ਇਨ੍ਹੀ ਨੇਤ੍ਰੀ ਜਗਤੁ ਨਿਹਾਲਿਆ ॥ ਖਸਮੁ ਛੋਡਿ ਦੂਜੈ ਲਗੇ ਡੁਬੇ ਸੇ ਵਣਜਾਰਿਆ ॥ ਸਤਿਗੁਰੂ ਹੈ ਬੋਹਿਥਾ ਵਿਰਲੈ ਕਿਨੈ ਵੀਚਾਰਿਆ ॥ ਕਰਿ ਕਿਰਪਾ ਪਾਰਿ ਉਤਾਰਿਆ ॥੧੩॥ ਸਲੋਕੁ ਮਃ ੧ ॥ ਸਿੰਮਲ ਰੁਖੁ ਸਰਾਇਰਾ ਅਤਿ ਦੀਰਘ ਅਤਿ ਮੁਚੁ ॥ ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ ॥ ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ ॥ ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ ॥ ਸਭੁ ਕੋ ਨਿਵੈ ਆਪ ਕਉ ਪਰ ਕਉ ਨਿਵੈ ਨ ਕੋਇ ॥ ਧਰਿ ਤਾਰਾਜੂ ਤੋਲੀਐ ਨਿਵੈ ਸੁ ਗਉਰਾ ਹੋਇ ॥ ਅਪਰਾਧੀ ਦੂਣਾ ਨਿਵੈ ਜੋ ਹੰਤਾ ਮਿਰਗਾਹਿ ॥ ਸੀਸਿ ਨਿਵਾਇਐ ਕਿਆ ਥੀਐ ਜਾ ਰਿਦੈ ਕੁਸੁਧੇ ਜਾਹਿ ॥੧॥ ਮਃ ੧ ॥ ਪੜਿ ਪੁਸਤਕ ਸੰਧਿਆ ਬਾਦੰ ॥ ਸਿਲ ਪੂਜਸਿ ਬਗੁਲ ਸਮਾਧੰ ॥ ਮੁਖਿ ਝੂਠ ਬਿਭੂਖਣ ਸਾਰੰ ॥ ਤ੍ਰੈਪਾਲ ਤਿਹਾਲ ਬਿਚਾਰੰ ॥ ਗਲਿ ਮਾਲਾ ਤਿਲਕੁ ਲਿਲਾਟੰ ॥ ਦੁਇ ਧੋਤੀ ਬਸਤ੍ਰ ਕਪਾਟੰ ॥ ਜੇ ਜਾਣਸਿ ਬ੍ਰਹਮੰ ਕਰਮੰ ॥ ਸਭਿ ਫੋਕਟ ਨਿਸਚਉ ਕਰਮੰ ॥ ਕਹੁ ਨਾਨਕ ਨਿਹਚਉ ਧਿਆਵੈ ॥ ਵਿਣੁ ਸਤਿਗੁਰ ਵਾਟ ਨ ਪਾਵੈ ॥੨॥ ਪਉੜੀ ॥ ਕਪੜੁ ਰੂਪੁ ਸੁਹਾਵਣਾ ਛਡਿ ਦੁਨੀਆ ਅੰਦਰਿ ਜਾਵਣਾ ॥ ਮੰਦਾ ਚੰਗਾ ਆਪਣਾ ਆਪੇ ਹੀ ਕੀਤਾ ਪਾਵਣਾ ॥ ਹੁਕਮ ਕੀਏ ਮਨਿ ਭਾਵਦੇ ਰਾਹਿ ਭੀੜੈ ਅਗੈ ਜਾਵਣਾ ॥ ਨੰਗਾ ਦੋਜਕਿ ਚਾਲਿਆ ਤਾ ਦਿਸੈ ਖਰਾ ਡਰਾਵਣਾ ॥ ਕਰਿ ਅਉਗਣ ਪਛੋਤਾਵਣਾ ॥੧੪॥ ਸਲੋਕੁ ਮਃ ੧ ॥ ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ ॥ ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ ॥ ਨਾ ਏਹੁ ਤੁਟੈ ਨ ਮਲੁ ਲਗੈ ਨਾ ਏਹੁ ਜਲੈ ਨ ਜਾਇ ॥ ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ ॥ ਚਉਕੜਿ ਮੁਲਿ ਅਣਾਇਆ ਬਹਿ ਚਉਕੈ ਪਾਇਆ ॥ ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ ਥਿਆ ॥ ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ ॥੧॥ ਮਃ ੧ ॥ ਲਖ ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ ॥ ਲਖ ਠਗੀਆ ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ ॥ ਤਗੁ ਕਪਾਹਹੁ ਕਤੀਐ ਬਾਮ੍ਣੁ ਵਟੇ ਆਇ ॥ ਕੁਹਿ ਬਕਰਾ ਰਿੰਨ੍ਹਿ ਖਾਇਆ ਸਭੁ ਕੋ

ਆਖੈ ਪਾਇ ॥ ਹੋਇ ਪੁਰਾਣਾ ਸੁਟੀਐ ਭੀ ਫਿਰਿ ਪਾਈਐ ਹੋਰੁ ॥ ਨਾਨਕ ਤਗੁ ਨ ਤੁਟਈ ਜੇ ਤਗਿ ਹੋਵੈ ਜੋਰੁ ॥੨॥ ਮਃ ੧ ॥ ਨਾਇ ਮੰਨਿਐ ਪਤਿ ਊਪਜੈ ਸਾਲਾਹੀ ਸਚੁ ਸੂਤੁ ॥ ਦਰਗਹ ਅੰਦਰਿ ਪਾਈਐ ਤਗੁ ਨ ਤੂਟਸਿ ਪੂਤ ॥੩॥ ਮਃ ੧ ॥ ਤਗੁ ਨ ਇੰਦ੍ਰੀ ਤਗੁ ਨ ਨਾਰੀ ॥ ਭਲਕੇ ਥੁਕ ਪਵੈ ਨਿਤ ਦਾੜੀ ॥ ਤਗੁ ਨ ਪੈਰੀ ਤਗੁ ਨ ਹਥੀ ॥ ਤਗੁ ਨ ਜਿਹਵਾ ਤਗੁ ਨ ਅਖੀ ॥ ਵੇਤਗਾ ਆਪੇ ਵਤੈ ॥ ਵਟਿ ਧਾਗੇ ਅਵਰਾ ਘਤੈ ॥ ਲੈ ਭਾੜਿ ਕਰੇ ਵੀਆਹੁ ॥ ਕਢਿ ਕਾਗਲੁ ਦਸੇ ਰਾਹੁ ॥ ਸੁਣਿ ਵੇਖਹੁ ਲੋਕਾ ਏਹੁ ਵਿਡਾਣੁ ॥ ਮਨਿ ਅੰਧਾ ਨਾਉ ਸੁਜਾਣੁ ॥੪॥ ਪਉੜੀ ॥ ਸਾਹਿਬੁ ਹੋਇ ਦਇਆਲੁ ਕਿਰਪਾ ਕਰੇ ਤਾ ਸਾਈ ਕਾਰ ਕਰਾਇਸੀ ॥ ਸੋ ਸੇਵਕੁ ਸੇਵਾ ਕਰੇ ਜਿਸ ਨੋ ਹੁਕਮੁ ਮਨਾਇਸੀ ॥ ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ ਖਸਮੈ ਭਾਵੈ ਸੋ ਕਰੇ ਮਨਹੁ ਚਿੰਦਿਆ ਸੋ ਫਲੁ ਪਾਇਸੀ ॥ ਤਾ ਦਰਗਹ ਪੈਧਾ ਜਾਇਸੀ ॥੧੫॥ ਸਲੋਕੁ ਮਃ ੧ ॥ ਗਊ ਬਿਰਾਹਮਣ ਕਉ ਕਰੁ ਲਾਵਹੁ ਗੋਬਰਿ ਤਰਣੁ ਨ ਜਾਈ ॥ ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ ॥ ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ ॥ ਛੋਡੀਲੇ ਪਾਖੰਡਾ ॥ ਨਾਮਿ ਲਇਐ ਜਾਹਿ ਤਰੰਦਾ ॥੧॥ ਮਃ ੧ ॥ ਮਾਣਸ ਖਾਣੇ ਕਰਹਿ ਨਿਵਾਜ ॥ ਛੁਰੀ ਵਗਾਇਨਿ ਤਿਨ ਗਲਿ ਤਾਗ ॥ ਤਿਨ ਘਰਿ ਬ੍ਰਹਮਣ ਪੂਰਹਿ ਨਾਦ ॥ ਉਨ੍ਹਾ ਭਿ ਆਵਹਿ ਓਈ ਸਾਦ ॥ ਕੂੜੀ ਰਾਸਿ ਕੂੜਾ ਵਾਪਾਰੁ ॥ ਕੂੜੁ ਬੋਲਿ ਕਰਹਿ ਆਹਾਰੁ ॥ ਸਰਮ ਧਰਮ ਕਾ ਡੇਰਾ ਦੂਰਿ ॥ ਨਾਨਕ ਕੂੜੁ ਰਹਿਆ ਭਰਪੂਰਿ ॥ ਮਥੈ ਟਿਕਾ ਤੇੜਿ ਧੋਤੀ ਕਖਾਈ ॥ ਹਥਿ ਛੁਰੀ ਜਗਤ ਕਾਸਾਈ ॥ ਨੀਲ ਵਸਤ੍ਰ ਪਹਿਰਿ ਹੋਵਹਿ ਪਰਵਾਣੁ ॥ ਮਲੇਛ ਧਾਨੁ ਲੇ ਪੂਜਹਿ ਪੁਰਾਣੁ ॥ ਅਭਾਖਿਆ ਕਾ ਕੁਠਾ ਬਕਰਾ ਖਾਣਾ ॥ ਚਉਕੇ ਉਪਰਿ ਕਿਸੈ ਨ ਜਾਣਾ ॥ ਦੇ ਕੈ ਚਉਕਾ ਕਢੀ ਕਾਰ ॥ ਉਪਰਿ ਆਇ ਬੈਠੇ ਕੂੜਿਆਰ ॥ ਮਤੁ ਭਿਟੈ ਵੇ ਮਤੁ ਭਿਟੈ ॥ ਇਹੁ ਅੰਨੁ ਅਸਾਡਾ ਫਿਟੈ ॥ ਤਨਿ ਫਿਟੈ ਫੇੜ ਕਰੇਨਿ ॥ ਮਨਿ ਜੂਠੈ ਚੁਲੀ ਭਰੇਨਿ ॥ ਕਹੁ ਨਾਨਕ ਸਚੁ ਧਿਆਈਐ ॥ ਸੁਚਿ ਹੋਵੈ ਤਾ ਸਚੁ ਪਾਈਐ ॥੨॥ ਪਉੜੀ ॥ ਚਿਤੈ ਅੰਦਰਿ ਸਭੁ ਕੋ ਵੇਖਿ ਨਦਰੀ ਹੇਠਿ ਚਲਾਇਦਾ ॥ ਆਪੇ ਦੇ ਵਡਿਆਈਆ ਆਪੇ ਹੀ ਕਰਮ ਕਰਾਇਦਾ ॥ ਵਡਹੁ ਵਡਾ ਵਡ ਮੇਦਨੀ ਸਿਰੇ ਸਿਰਿ ਧੰਧੈ ਲਾਇਦਾ ॥ ਨਦਰਿ ਉਪਠੀ ਜੇ ਕਰੇ ਸੁਲਤਾਨਾ ਘਾਹੁ ਕਰਾਇਦਾ ॥ ਦਰਿ ਮੰਗਨਿ ਭਿਖ ਨ ਪਾਇਦਾ

॥੧੬॥ ਸਲੋਕੁ ਮਃ ੧ ॥ ਜੇ ਮੋਹਾਕਾ ਘਰੁ ਮੁਹੈ ਘਰੁ ਮੁਹਿ ਪਿਤਰੀ ਦੇਇ ॥ ਅਗੈ ਵਸਤੁ ਸਿਞਾਣੀਐ ਪਿਤਰੀ ਚੋਰ ਕਰੇਇ ॥ ਵਢੀਅਹਿ ਹਥ ਦਲਾਲ ਕੇ ਮੁਸਫੀ ਏਹ ਕਰੇਇ ॥ ਨਾਨਕ ਅਗੈ ਸੋ ਮਿਲੈ ਜਿ ਖਟੇ ਘਾਲੇ ਦੇਇ ॥੧॥ ਮਃ ੧ ॥ ਜਿਉ ਜੋਰੂ ਸਿਰਨਾਵਣੀ ਆਵੈ ਵਾਰੋ ਵਾਰ ॥ ਜੂਠੇ ਜੂਠਾ ਮੁਖਿ ਵਸੈ ਨਿਤ ਨਿਤ ਹੋਇ ਖੁਆਰੁ ॥ ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ ॥ ਸੂਚੇ ਸੇਈ ਨਾਨਕਾ ਜਿਨ ਮਨਿ ਵਸਿਆ ਸੋਇ ॥੨॥ ਪਉੜੀ ॥ ਤੁਰੇ ਪਲਾਣੇ ਪਉਣ ਵੇਗ ਹਰ ਰੰਗੀ ਹਰਮ ਸਵਾਰਿਆ ॥ ਕੋਠੇ ਮੰਡਪ ਮਾੜੀਆ ਲਾਇ ਬੈਠੇ ਕਰਿ ਪਾਸਾਰਿਆ ॥ ਚੀਜ ਕਰਨਿ ਮਨਿ ਭਾਵਦੇ ਹਰਿ ਬੁਝਨਿ ਨਾਹੀ ਹਾਰਿਆ ॥ ਕਰਿ ਫੁਰਮਾਇਸਿ ਖਾਇਆ ਵੇਖਿ ਮਹਲਤਿ ਮਰਣੁ ਵਿਸਾਰਿਆ ॥ ਜਰੁ ਆਈ ਜੋਬਨਿ ਹਾਰਿਆ ॥੧੭॥ ਸਲੋਕੁ ਮਃ ੧ ॥ ਜੇ ਕਰਿ ਸੂਤਕੁ ਮੰਨੀਐ ਸਭ ਤੈ ਸੂਤਕੁ ਹੋਇ ॥ ਗੋਹੇ ਅਤੈ ਲਕੜੀ ਅੰਦਰਿ ਕੀੜਾ ਹੋਇ ॥ ਜੇਤੇ ਦਾਣੇ ਅੰਨ ਕੇ ਜੀਆ ਬਾਝੁ ਨ ਕੋਇ ॥ ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ ॥ ਸੂਤਕੁ ਕਿਉ ਕਰਿ ਰਖੀਐ ਸੂਤਕੁ ਪਵੈ ਰਸੋਇ ॥ ਨਾਨਕ ਸੂਤਕੁ ਏਵ ਨ ਉਤਰੈ ਗਿਆਨੁ ਉਤਾਰੇ ਧੋਇ ॥੧॥ ਮਃ ੧ ॥ ਮਨ ਕਾ ਸੂਤਕੁ ਲੋਭੁ ਹੈ ਜਿਹਵਾ ਸੂਤਕੁ ਕੂੜੁ ॥ ਅਖੀ ਸੂਤਕੁ ਵੇਖਣਾ ਪਰ ਤ੍ਰਿਅ ਪਰ ਧਨ ਰੂਪੁ ॥ ਕੰਨੀ ਸੂਤਕੁ ਕੰਨਿ ਪੈ ਲਾਇਤਬਾਰੀ ਖਾਹਿ ॥ ਨਾਨਕ ਹੰਸਾ ਆਦਮੀ ਬਧੇ ਜਮ ਪੁਰਿ ਜਾਹਿ ॥੨॥ ਮਃ ੧ ॥ ਸਭੋ ਸੂਤਕੁ ਭਰਮੁ ਹੈ ਦੂਜੈ ਲਗੈ ਜਾਇ ॥ ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ ॥ ਖਾਣਾ ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ ॥ ਨਾਨਕ ਜਿਨ੍ਹੀ ਗੁਰਮੁਖਿ ਬੁਝਿਆ ਤਿਨ੍ਹਾ ਸੂਤਕੁ ਨਾਹਿ ॥੩॥ ਪਉੜੀ ॥ ਸਤਿਗੁਰੁ ਵਡਾ ਕਰਿ ਸਾਲਾਹੀਐ ਜਿਸੁ ਵਿਚਿ ਵਡੀਆ ਵਡਿਆਈਆ ॥ ਸਹਿ ਮੇਲੇ ਤਾ ਨਦਰੀ ਆਈਆ ॥ ਜਾ ਤਿਸੁ ਭਾਣਾ ਤਾ ਮਨਿ ਵਸਾਈਆ ॥ ਕਰਿ ਹੁਕਮੁ ਮਸਤਕਿ ਹਥੁ ਧਰਿ ਵਿਚਹੁ ਮਾਰਿ ਕਢੀਆ ਬੁਰਿਆਈਆ ॥ ਸਹਿ ਤੁਠੈ ਨਉ ਨਿਧਿ ਪਾਈਆ ॥੧੮॥ ਸਲੋਕੁ ਮਃ ੧ ॥ ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ ॥ ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ ॥ ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ ॥ ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ ॥ ਅੰਨੁ ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ਪੰਜਵਾ ਪਾਇਆ ਘਿਰਤੁ ॥ ਤਾ ਹੋਆ ਪਾਕੁ ਪਵਿਤੁ ॥ ਪਾਪੀ ਸਿਉ ਤਨੁ

ਗਡਿਆ ਥੁਕਾ ਪਈਆ ਤਿਤੁ ॥ ਜਿਤੁ ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ ॥ ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ ॥੧॥ ਮਃ ੧ ॥ ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ॥ ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ॥ ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥ ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥ ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ ॥ ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ ॥ ਜਿਤੁ ਮੁਖਿ ਸਦਾ ਸਾਲਾਹੀਐ ਭਾਗਾ ਰਤੀ ਚਾਰਿ ॥ ਨਾਨਕ ਤੇ ਮੁਖ ਊਜਲੇ ਤਿਤੁ ਸਚੈ ਦਰਬਾਰਿ ॥੨॥ ਪਉੜੀ ॥ ਸਭੁ ਕੋ ਆਖੈ ਆਪਣਾ ਜਿਸੁ ਨਾਹੀ ਸੋ ਚੁਣਿ ਕਢੀਐ ॥ ਕੀਤਾ ਆਪੋ ਆਪਣਾ ਆਪੇ ਹੀ ਲੇਖਾ ਸੰਢੀਐ ॥ ਜਾ ਰਹਣਾ ਨਾਹੀ ਐਤੁ ਜਗਿ ਤਾ ਕਾਇਤੁ ਗਾਰਬਿ ਹੰਢੀਐ ॥ ਮੰਦਾ ਕਿਸੈ ਨ ਆਖੀਐ ਪੜਿ ਅਖਰੁ ਏਹੋ ਬੁਝੀਐ ॥ ਮੂਰਖੈ ਨਾਲਿ ਨ ਲੁਝੀਐ ॥੧੯॥ ਸਲੋਕੁ ਮਃ ੧ ॥ ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ ॥ ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ ॥ ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ ॥ ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ ॥੧॥ ਮਃ ੧ ॥ ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ ॥ ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ ॥ ਜਿਨ੍ ਪਟੁ ਅੰਦਰਿ ਬਾਹਰਿ ਗੁਦੜੁ ਤੇ ਭਲੇ ਸੰਸਾਰਿ ॥ ਤਿਨ੍ ਨੇਹੁ ਲਗਾ ਰਬ ਸੇਤੀ ਦੇਖਨ੍ੇ ਵੀਚਾਰਿ ॥ ਰੰਗਿ ਹਸਹਿ ਰੰਗਿ ਰੋਵਹਿ ਚੁਪ ਭੀ ਕਰਿ ਜਾਹਿ ॥ ਪਰਵਾਹ ਨਾਹੀ ਕਿਸੈ ਕੇਰੀ ਬਾਝੁ ਸਚੇ ਨਾਹ ॥ ਦਰਿ ਵਾਟ ਉਪਰਿ ਖਰਚੁ ਮੰਗਾ ਜਬੈ ਦੇਇ ਤ ਖਾਹਿ ॥ ਦੀਬਾਨੁ ਏਕੋ ਕਲਮ ਏਕਾ ਹਮਾ ਤੁਮ੍ਾ ਮੇਲੁ ॥ ਦਰਿ ਲਏ ਲੇਖਾ ਪੀੜਿ ਛੁਟੈ ਨਾਨਕਾ ਜਿਉ ਤੇਲੁ ॥ ੨॥ ਪਉੜੀ ॥ ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥ ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ ॥ ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥ ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥੨੦॥

ਮਹਲਾ ੨ ॥ ---

ਸਲੋਕੁ ਮਃ ੧ ॥ ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ ॥ ਇਕਨ੍ਹੀ ਦੁਧੁ ਸਮਾਈਐ ਇਕਿ ਚੁਲ੍ਹੈ ਰਹਨ੍ਹਿ ਚੜੇ ॥ ਇਕਿ ਨਿਹਾਲੀ ਪੈ ਸਵਨ੍ਹਿ ਇਕਿ ਉਪਰਿ ਰਹਨਿ ਖੜੇ ॥ ਤਿਨ੍ਹਾ ਸਵਾਰੇ ਨਾਨਕਾ ਜਿਨ੍ਹ ਕਉ ਨਦਰਿ ਕਰੇ ॥੧॥

ਮਹਲਾ ੨ ॥ --

ਅੰਗ 475 ਤੋਂ ਰਾਗੁ ਆਸਾ ਬਾਣੀ ਭਗਤਾ ਕੀ ॥ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 488 ਤੱਕ ਹੈ।

ਅੰਗ 488 'ਤੇ ਆਸਾ ਸੇਖ ਫਰੀਦ ਜੀਉ ਕੀ ਬਾਣੀ ਹੈ।

ਰਾਗੁ ਗੂਜਰੀ ਮਹਲਾ ੧

ਅੰਗ 489 'ਤੇ ਰਾਗੁ ਗੁਜਰੀ ਮਹਲਾ ੧ ਬਾਣੀ ਹੈ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਗੂਜਰੀ ਮਹਲਾ ੧ ਚਉਪਦੇ ਘਰੁ ੧ ॥

ਤੇਰਾ ਨਾਮੁ ਕਰੀ ਚਨਣਾਠੀਆ ਜੇ ਮਨੁ ਉਰਸਾ ਹੋਇ ॥ ਕਰਣੀ ਕੁੰਗੂ ਜੇ ਰਲੈ ਘਟ ਅੰਤਰਿ ਪੂਜਾ ਹੋਇ ॥੧॥ ਪੂਜਾ ਕੀਚੈ ਨਾਮੁ ਧਿਆਈਐ ਬਿਨੁ ਨਾਵੈ ਪੂਜ ਨ ਹੋਇ ॥੧॥ ਰਹਾਉ ॥ ਬਾਹਰਿ ਦੇਵ ਪਖਾਲੀਅਹਿ ਜੇ ਮਨੁ ਧੋਵੈ ਕੋਇ ॥ ਜੂਠਿ ਲਹੈ ਜੀਉ ਮਾਜੀਐ ਮੋਖ ਪਇਆਣਾ ਹੋਇ ॥੨॥ ਪਸੂ ਮਿਲਹਿ ਚੰਗਿਆਈਆ ਖੜੁ ਖਾਵਹਿ ਅੰਮ੍ਰਿਤੁ ਦੇਹਿ ॥ ਨਾਮ ਵਿਹੂਣੇ ਆਦਮੀ ਧ੍ਰਿਗੁ ਜੀਵਣ ਕਰਮ ਕਰੇਹਿ ॥੩॥ ਨੇੜਾ ਹੈ ਦੂਰਿ ਨ ਜਾਣਿਅਹੁ ਨਿਤ ਸਾਰੇ ਸੰਮ੍ਹਾਲੇ ॥ ਜੋ ਦੇਵੈ ਸੋ ਖਾਵਣਾ ਕਹੁ ਨਾਨਕ ਸਾਚਾ ਹੇ ॥੪॥੧॥ ਗੂਜਰੀ ਮਹਲਾ ੧ ॥ ਨਾਭਿ ਕਮਲ ਤੇ ਬ੍ਰਹਮਾ ਉਪਜੇ ਬੇਦ ਪੜਹਿ ਮੁਖਿ ਕੰਠਿ ਸਵਾਰਿ ॥ ਤਾ ਕੋ ਅੰਤੁ ਨ ਜਾਈ ਲਖਣਾ ਆਵਤ ਜਾਤ ਰਹੈ ਗੁਬਾਰਿ ॥੧॥ ਪ੍ਰੀਤਮ ਕਿਉ ਬਿਸਰਹਿ ਮੇਰੇ ਪ੍ਰਾਣ ਅਧਾਰ ॥ ਜਾ ਕੀ ਭਗਤਿ ਕਰਹਿ ਜਨ ਪੂਰੇ ਮੁਨਿ ਜਨ ਸੇਵਹਿ ਗੁਰ ਵੀਚਾਰਿ ॥੧॥ ਰਹਾਉ ॥ ਰਵਿ ਸਸਿ ਦੀਪਕ ਜਾ ਕੇ ਤ੍ਰਿਭਵਣਿ ਏਕਾ ਜੋਤਿ ਮੁਰਾਰਿ ॥ ਗੁਰਮੁਖਿ ਹੋਇ ਸੁ ਅਹਿਨਿਸਿ ਨਿਰਮਲੁ ਮਨਮੁਖਿ ਰੈਣਿ ਅੰਧਾਰਿ ॥੨॥ ਸਿਧ ਸਮਾਧਿ ਕਰਹਿ ਨਿਤ ਝਗਰਾ ਦੁਹੁ ਲੋਚਨ ਕਿਆ ਹੇਰੈ ॥ ਅੰਤਰਿ ਜੋਤਿ ਸਬਦੁ ਧੁਨਿ ਜਾਗੈ ਸਤਿਗੁਰੁ ਝਗਰੁ ਨਿਬੇਰੈ ॥੩॥ ਸੁਰਿ ਨਰ ਨਾਥ ਬੇਅੰਤ ਅਜੋਨੀ ਸਾਚੈ ਮਹਲਿ ਅਪਾਰਾ ॥ ਨਾਨਕ ਸਹਜਿ ਮਿਲੇ ਜਗਜੀਵਨ ਨਦਰਿ ਕਰਹੁ ਨਿਸਤਾਰਾ ॥੪॥੨॥

ਅੰਗ 490 'ਤੇ ਰਾਗੁ ਗੂਜਰੀ ਮਹਲਾ ੩ ਬਾਣੀ ਹੈ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 492 ਤੱਕ ਹੈ।

ਅੰਗ 492 ਤੋਂ ਰਾਗੁ ਗੂਜਰੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 495 ਤੱਕ ਹੈ।

ਅੰਗ 495 ਤੋਂ ਗੂਜਰੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 503 ਤੱਕ ਹੈ।

ਗੂਜਰੀ ਅਸਟਪਦੀਆ ਮਹਲਾ ੧

ਅੰਗ 503 ਤੋਂ ਗੂਜਰੀ ਅਸਟਪਦੀਆ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 506 ਤੱਕ ਹੈ।

ਗੂਜਰੀ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਏਕ ਨਗਰੀ ਪੰਚ ਚੋਰ ਬਸੀਅਲੇ ਬਰਜਤ ਚੋਰੀ ਧਾਵੈ ॥ ਤ੍ਰਿਹਦਸ ਮਾਲ ਰਖੈ ਜੋ ਨਾਨਕ ਮੋਖ ਮੁਕਤਿ ਸੋ ਪਾਵੈ ॥੧॥ ਚੇਤਹੁ ਬਾਸੁਦੇਉ ਬਨਵਾਲੀ ॥ ਰਾਮੁ ਰਿਦੈ ਜਪਮਾਲੀ ॥੧॥ ਰਹਾਉ ॥ ਉਰਧ ਮੂਲ ਜਿਸੁ ਸਾਖ ਤਲਾਹਾ ਚਾਰਿ ਬੇਦ ਜਿਤੁ ਲਾਗੇ ॥ ਸਹਜ ਭਾਇ ਜਾਇ ਤੇ ਨਾਨਕ ਪਾਰਬ੍ਰਹਮ ਲਿਵ ਜਾਗੇ ॥੨॥ ਪਾਰਜਾਤੁ ਘਰਿ ਆਗਨਿ ਮੇਰੈ ਪੁਹਪ ਪਤ੍ਰ ਤਤੁ ਡਾਲਾ ॥ ਸਰਬ ਜੋਤਿ ਨਿਰੰਜਨ ਸੰਭੂ ਛੋਡਹੁ ਬਹੁਤੁ ਜੰਜਾਲਾ ॥੩॥ ਸੁਣਿ ਸਿਖਵੰਤੇ ਨਾਨਕੁ ਬਿਨਵੈ ਛੋਡਹੁ ਮਾਇਆ ਜਾਲਾ ॥ ਮਨਿ ਬੀਚਾਰਿ ਏਕ ਲਿਵ ਲਾਗੀ ਪੁਨਰਪਿ ਜਨਮੁ ਨ ਕਾਲਾ ॥੪॥ ਸੋ ਗੁਰੂ ਸੋ ਸਿਖੁ ਕਥੀਅਲੇ ਸੋ ਵੈਦੁ ਜਿ ਜਾਣੈ ਰੋਗੀ ॥ ਤਿਸੁ ਕਾਰਣਿ ਕੰਮੁ ਨ ਧੰਧਾ ਨਾਹੀ ਧੰਧੈ ਗਿਰਹੀ ਜੋਗੀ ॥ ੫॥ ਕਾਮੁ ਕ੍ਰੋਧੁ ਅਹੰਕਾਰੁ ਤਜੀਅਲੇ ਲੋਭੁ ਮੋਹੁ ਤਿਸ ਮਾਇਆ ॥ ਮਨਿ ਤਤੁ ਅਵਿਗਤੁ ਧਿਆਇਆ ਗੁਰ ਪਰਸਾਦੀ ਪਾਇਆ ॥੬॥ ਗਿਆਨੁ ਧਿਆਨੁ ਸਭ ਦਾਤਿ ਕਥੀਅਲੇ ਸੇਤ ਬਰਨ ਸਭਿ ਦੂਤਾ ॥ ਬ੍ਰਹਮ ਕਮਲ ਮਧੁ ਤਾਸੁ ਰਸਾਦੰ ਜਾਗਤ ਨਾਹੀ ਸੂਤਾ ॥੭॥ ਮਹਾ ਗੰਭੀਰ ਪਤ੍ਰ ਪਾਤਾਲਾ ਨਾਨਕ ਸਰਬ ਜੁਆਇਆ ॥ ਉਪਦੇਸ ਗੁਰੂ ਮਮ ਪੁਨਹਿ ਨ ਗਰਭੰ ਬਿਖੁ ਤਜਿ ਅੰਮ੍ਰਿਤੁ ਪੀਆਇਆ ॥੮॥੧॥ ਗੂਜਰੀ ਮਹਲਾ ੧ ॥

ਕਵਨ ਕਵਨ ਜਾਚਹਿ ਪ੍ਰਭ ਦਾਤੇ ਤਾ ਕੇ ਅੰਤ ਨ ਪਰਹਿ ਸੁਮਾਰ ॥ ਜੈਸੀ ਭੂਖ ਹੋਇ ਅਭ ਅੰਤਰਿ ਤੂੰ ਸਮਰਥੁ ਸਚੁ ਦੇਵਣਹਾਰ ॥੧॥ ਐ ਜੀ ਜਪੁ ਤਪੁ ਸੰਜਮੁ ਸਚੁ ਅਧਾਰ ॥ ਹਰਿ ਹਰਿ ਨਾਮੁ ਦੇਹਿ ਸੁਖੁ ਪਾਈਐ ਤੇਰੀ ਭਗਤਿ ਭਰੇ ਭੰਡਾਰ ॥੧॥ ਰਹਾਉ ॥ ਸੁੰਨ ਸਮਾਧਿ ਰਹਹਿ ਲਿਵ ਲਾਗੇ ਏਕਾ ਏਕੀ ਸਬਦੁ ਬੀਚਾਰ ॥ ਜਲੁ ਥਲੁ ਧਰਣਿ ਗਗਨੁ ਤਹ ਨਾਹੀ ਆਪੇ ਆਪੁ ਕੀਆ ਕਰਤਾਰ ॥੨॥ ਨਾ ਤਦਿ ਮਾਇਆ ਮਗਨੁ ਨ ਛਾਇਆ ਨਾ ਸੂਰਜ ਚੰਦ ਨ ਜੋਤਿ ਅਪਾਰ ॥ ਸਰਬ ਦ੍ਰਿਸਟਿ ਲੋਚਨ ਅਭ ਅੰਤਰਿ ਏਕਾ ਨਦਰਿ ਸੁ ਤ੍ਰਿਭਵਣ ਸਾਰ ॥੩॥ ਪਵਣੁ ਪਾਣੀ ਅਗਨਿ ਤਿਨਿ ਕੀਆ ਬ੍ਰਹਮਾ ਬਿਸਨੁ ਮਹੇਸ ਅਕਾਰ ॥ ਸਰਬੇ ਜਾਚਿਕ ਤੂੰ ਪ੍ਰਭੁ ਦਾਤਾ ਦਾਤਿ ਕਰੇ ਅਪੁਨੈ ਬੀਚਾਰ ॥੪॥ ਕੋਟਿ ਤੇਤੀਸ ਜਾਚਹਿ ਪ੍ਰਭ ਨਾਇਕ ਦੇਦੇ ਤੋਟਿ ਨਾਹੀ ਭੰਡਾਰ ॥ ਊਂਧੈ ਭਾਂਡੈ ਕਛੁ ਨ ਸਮਾਵੈ ਸੀਧੈ ਅੰਮ੍ਰਿਤੁ ਪਰੈ ਨਿਹਾਰ ॥੫॥ ਸਿਧ ਸਮਾਧੀ ਅੰਤਰਿ ਜਾਚਹਿ ਰਿਧਿ ਸਿਧਿ ਜਾਚਿ ਕਰਹਿ ਜੈਕਾਰ ॥ ਜੈਸੀ ਪਿਆਸ ਹੋਇ ਮਨ ਅੰਤਰਿ ਤੈਸੋ ਜਲੁ ਦੇਵਹਿ ਪਰਕਾਰ ॥੬॥ ਬਡੇ ਭਾਗ ਗੁਰੁ ਸੇਵਹਿ ਅਪੁਨਾ ਭੇਦੁ ਨਾਹੀ ਗੁਰਦੇਵ ਮੁਰਾਰ ॥ ਤਾ ਕਉ ਕਾਲੁ ਨਾਹੀ ਜਮੁ ਜੋਹੈ ਬੂਝਹਿ ਅੰਤਰਿ ਸਬਦੁ ਬੀਚਾਰ ॥੭॥ ਅਬ ਤਬ ਅਵਰੁ ਨ ਮਾਗਉ ਹਰਿ ਪਹਿ ਨਾਮੁ ਨਿਰੰਜਨ ਦੀਜੈ ਪਿਆਰਿ ॥ ਨਾਨਕ ਚਾਤ੍ਰਿਕੁ ਅੰਮ੍ਰਿਤ ਜਲੁ ਮਾਗੈ ਹਰਿ ਜਸੁ ਦੀਜੈ ਕਿਰਪਾ ਧਾਰਿ ॥੮॥੨॥ ਗੂਜਰੀ ਮਹਲਾ ੧ ॥ ਐ ਜੀ ਜਨਮਿ ਮਰੈ ਆਵੈ ਫੁਨਿ ਜਾਵੈ ਬਿਨੁ ਗੁਰ ਗਤਿ ਨਹੀ ਕਾਈ ॥ ਗੁਰਮੁਖਿ ਪ੍ਰਾਣੀ ਨਾਮੇ ਰਾਤੇ ਨਾਮੇ ਗਤਿ ਪਤਿ ਪਾਈ ॥੧॥ ਭਾਈ ਰੇ ਰਾਮ ਨਾਮਿ ਚਿਤੁ ਲਾਈ ॥ ਗੁਰ ਪਰਸਾਦੀ ਹਰਿ ਪ੍ਰਭ ਜਾਚੇ ਐਸੀ ਨਾਮ ਬਡਾਈ ॥੧॥ ਰਹਾਉ ॥ ਐ ਜੀ ਬਹੁਤੇ ਭੇਖ ਕਰਹਿ ਭਿਖਿਆ ਕਉ ਕੇਤੇ ਉਦਰੁ ਭਰਨ ਕੈ ਤਾਈ ॥ ਬਿਨੁ ਹਰਿ ਭਗਤਿ ਨਾਹੀ ਸੁਖੁ ਪ੍ਰਾਨੀ ਬਿਨੁ ਗੁਰ ਗਰਬੁ ਨ ਜਾਈ ॥੨॥ ਐ ਜੀ ਕਾਲੁ ਸਦਾ ਸਿਰ ਊਪਰਿ ਠਾਢੇ ਜਨਮਿ ਜਨਮਿ ਵੈਰਾਈ ॥ ਸਾਚੈ ਸਬਦਿ ਰਤੇ ਸੇ ਬਾਚੇ ਸਤਿਗੁਰ ਬੂਝ ਬੁਝਾਈ ॥੩॥ ਗੁਰ ਸਰਣਾਈ ਜੋਹਿ ਨ ਸਾਕੈ ਦੂਤੁ ਨ ਸਕੈ ਸੰਤਾਈ ॥ ਅਵਿਗਤ ਨਾਥ ਨਿਰੰਜਨਿ ਰਾਤੇ ਨਿਰਭਉ ਸਿਉ ਲਿਵ ਲਾਈ ॥੪॥ ਐ ਜੀਉ ਨਾਮੁ ਦਿੜਹੁ ਨਾਮੇ ਲਿਵ ਲਾਵਹੁ ਸਤਿਗੁਰ ਟੇਕ ਟਿਕਾਈ ॥ ਜੋ ਤਿਸੁ ਭਾਵੈ ਸੋਈ ਕਰਸੀ ਕਿਰਤੁ ਨ ਮੇਟਿਆ ਜਾਈ ॥੫॥ ਐ ਜੀ ਭਾਗਿ ਪਰੇ ਗੁਰ ਸਰਣਿ ਤੁਮ੍ਹਾਰੀ ਮੈ ਅਵਰ ਨ ਦੂਜੀ ਭਾਈ ॥ ਅਬ ਤਬ ਏਕੋ ਏਕੁ ਪੁਕਾਰਉ ਆਦਿ ਜੁਗਾਦਿ ਸਖਾਈ ॥੬॥ ਐ ਜੀ ਰਾਖਹੁ ਪੈਜ ਨਾਮ ਅਪੁਨੇ ਕੀ ਤੁਝ ਹੀ ਸਿਉ ਬਨਿ ਆਈ ॥ ਕਰਿ ਕਿਰਪਾ ਗੁਰ ਦਰਸੁ ਦਿਖਾਵਹੁ ਹਉਮੈ ਸਬਦਿ ਜਲਾਈ

॥੭॥ ਐ ਜੀ ਕਿਆ ਮਾਗਉ ਕਿਛੁ ਰਹੈ ਨ ਦੀਸੈ ਇਸੁ ਜਗ ਮਹਿ ਆਇਆ ਜਾਈ ॥ ਨਾਨਕ ਨਾਮੁ ਪਦਾਰਥੁ ਦੀਜੈ ਹਿਰਦੈ ਕੰਠਿ ਬਣਾਈ ॥੮॥੩॥ ਗੂਜਰੀ ਮਹਲਾ ੧ ॥ ਐ ਜੀ ਨਾ ਹਮ ਉਤਮ ਨੀਚ ਨ ਮਧਿਮ ਹਰਿ ਸਰਣਾਗਤਿ ਹਰਿ ਕੇ ਲੋਗ ॥ ਨਾਮ ਰਤੇ ਕੇਵਲ ਬੈਰਾਗੀ ਸੋਗ ਬਿਜੋਗ ਬਿਸਰਜਿਤ ਰੋਗ ॥੧॥ ਭਾਈ ਰੇ ਗੁਰ ਕਿਰਪਾ ਤੇ ਭਗਤਿ ਠਾਕੁਰ ਕੀ ॥ ਸਤਿਗੁਰ ਵਾਕਿ ਹਿਰਦੈ ਹਰਿ ਨਿਰਮਲੁ ਨਾ ਜਮ ਕਾਣਿ ਨ ਜਮ ਕੀ ਬਾਕੀ ॥੧॥ ਰਹਾਉ ॥ ਹਰਿ ਗੁਣ ਰਸਨ ਰਵਹਿ ਪ੍ਰਭ ਸੰਗੇ ਜੋ ਤਿਸੁ ਭਾਵੈ ਸਹਜਿ ਹਰੀ ॥ ਬਿਨੁ ਹਰਿ ਨਾਮ ਬ੍ਰਿਥਾ ਜਗਿ ਜੀਵਨੁ ਹਰਿ ਬਿਨੁ ਨਿਹਫਲ ਮੇਕ ਘਰੀ ॥੨॥ ਐ ਜੀ ਖੋਟੇ ਠਉਰ ਨਾਹੀ ਘਰਿ ਬਾਹਰਿ ਨਿੰਦਕ ਗਤਿ ਨਹੀ ਕਾਈ ॥ ਰੋਸੁ ਕਰੈ ਪ੍ਰਭੁ ਬਖਸ ਨ ਮੇਟੈ ਨਿਤ ਨਿਤ ਚੜੈ ਸਵਾਈ ॥੩॥ ਐ ਜੀ ਗੁਰ ਕੀ ਦਾਤਿ ਨ ਮੇਟੈ ਕੋਈ ਮੇਰੈ ਠਾਕੁਰਿ ਆਪਿ ਦਿਵਾਈ ॥ ਨਿੰਦਕ ਨਰ ਕਾਲੇ ਮੁਖ ਨਿੰਦਾ ਜਿਨ੍ਹ ਗੁਰ ਕੀ ਦਾਤਿ ਨ ਭਾਈ ॥੪॥ ਐ ਜੀ ਸਰਣਿ ਪਰੇ ਪ੍ਰਭੁ ਬਖਸਿ ਮਿਲਾਵੈ ਬਿਲਮ ਨ ਅਧੂਆ ਰਾਈ ॥ ਆਨਦ ਮੂਲੁ ਨਾਥੁ ਸਿਰਿ ਨਾਥਾ ਸਤਿਗੁਰੁ ਮੇਲਿ ਮਿਲਾਈ ॥੫॥ ਐ ਜੀ ਸਦਾ ਦਇਆਲੁ ਦਇਆ ਕਰਿ ਰਵਿਆ ਗੁਰਮਤਿ ਭ੍ਰਮਨਿ ਚੁਕਾਈ ॥ ਪਾਰਸੁ ਭੇਟਿ ਕੰਚਨੁ ਧਾਤੁ ਹੋਈ ਸਤਸੰਗਤਿ ਕੀ ਵਡਿਆਈ ॥੬॥ ਹਰਿ ਜਲੁ ਨਿਰਮਲੁ ਮਨੁ ਇਸਨਾਨੀ ਮਜਨੁ ਸਤਿਗੁਰੁ ਭਾਈ ॥ ਪੁਨਰਪਿ ਜਨਮੁ ਨਾਹੀ ਜਨ ਸੰਗਤਿ ਜੋਤੀ ਜੋਤਿ ਮਿਲਾਈ ॥੭॥ ਤੂੰ ਵਡ ਪੁਰਖੁ ਅਗੰਮ ਤਰੋਵਰੁ ਹਮ ਪੰਖੀ ਤੁਝ ਮਾਹੀ ॥ ਨਾਨਕ ਨਾਮੁ ਨਿਰੰਜਨ ਦੀਜੈ ਜੁਗਿ ਜੁਗਿ ਸਬਦਿ ਸਲਾਹੀ ॥੮॥੪॥

ਗੂਜਰੀ ਮਹਲਾ ੧ ਘਰੁ ੪ ੴ ਸਤਿਗੁਰ ਪ੍ਰਸਾਦਿ ॥

ਭਗਤਿ ਪ੍ਰੇਮ ਆਰਾਧਿਤੰ ਸਚੁ ਪਿਆਸ ਪਰਮ ਹਿਤੰ ॥ ਬਿਲਲਾਪ ਬਿਲਲ ਬਿਨੰਤੀਆ ਸੁਖ ਭਾਇ ਚਿਤ ਹਿਤੰ ॥ ੧॥ ਜਪਿ ਮਨ ਨਾਮੁ ਹਰਿ ਸਰਣੀ ॥ ਸੰਸਾਰ ਸਾਗਰ ਤਾਰਿ ਤਾਰਣ ਰਮ ਨਾਮ ਕਰਿ ਕਰਣੀ ॥੧॥ ਰਹਾਉ ॥ ਏ ਮਨ ਮਿਰਤ ਸੁਭ ਚਿੰਤੰ ਗੁਰ ਸਬਦਿ ਹਰਿ ਰਮਣੰ ॥ ਮਤਿ ਤਤੁ ਗਿਆਨੰ ਕਲਿਆਣ ਨਿਧਾਨੰ ਹਰਿ ਨਾਮ ਮਨਿ ਰਮਣੰ ॥੨॥ ਚਲ ਚਿਤ ਵਿਤ ਭ੍ਰਮਾ ਭ੍ਰਮੰ ਜਗੁ ਮੋਹ ਮਗਨ ਹਿਤੰ ॥ ਥਿਰੁ ਨਾਮੁ ਭਗਤਿ ਦਿੜੰ ਮਤੀ ਗੁਰ ਵਾਕਿ ਸਬਦ ਰਤੰ ॥੩॥ ਭਰਮਾਤਿ ਭਰਮੁ ਨ ਚੂਕਈ ਜਗੁ ਜਨਮਿ ਬਿਆਧਿ ਖਪੰ ॥ ਅਸਥਾਨੁ

ਹਰਿ ਨਿਹਕੇਵਲੰ ਸਤਿ ਮਤੀ ਨਾਮ ਤਪੰ ॥੪॥ ਇਹੁ ਜਗੁ ਮੋਹ ਹੇਤ ਬਿਆਪਿਤੰ ਦੁਖੁ ਅਧਿਕ ਜਨਮ ਮਰਣੰ ॥ ਭਜੁ ਸਰਣਿ ਸਤਿਗੁਰ ਊਬਰਹਿ ਹਰਿ ਨਾਮੁ ਰਿਦ ਰਮਣੰ ॥੫॥ ਗੁਰਮਤਿ ਨਿਹਚਲ ਮਨਿ ਮਨੁ ਮਨੰ ਸਹਜ ਬੀਚਾਰੰ ॥ ਸੋ ਮਨੁ ਨਿਰਮਲੁ ਜਿਤੁ ਸਾਚੁ ਅੰਤਰਿ ਗਿਆਨ ਰਤਨੁ ਸਾਰੰ ॥੬॥ ਭੈ ਭਾਇ ਭਗਤਿ ਤਰੁ ਭਵਜਲੁ ਮਨਾ ਚਿਤੁ ਲਾਇ ਹਰਿ ਚਰਣੀ ॥ ਹਰਿ ਨਾਮੁ ਹਿਰਦੈ ਪਵਿਤ੍ਰੁ ਪਾਵਨੁ ਇਹੁ ਸਰੀਰੁ ਤਉ ਸਰਣੀ ॥੭॥ ਲਬ ਲੋਭ ਲਹਰਿ ਨਿਵਾਰਣੰ ਹਰਿ ਨਾਮ ਰਾਸਿ ਮਨੰ ॥ ਮਨੁ ਮਾਰਿ ਤੁਹੀ ਨਿਰੰਜਨਾ ਕਹੁ ਨਾਨਕਾ ਸਰਨੰ ॥੮॥੧॥੫॥

ਅੰਗ 506 ’ਤੇ ਗੂਜਰੀ ਮਹਲਾ ੩ ਬਾਣੀ ਹੈ।

ਅੰਗ 506 ’ਤੇ ਗੂਜਰੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 507 ਤੱਕ ਹੈ।

ਅੰਗ 507 ਤੋਂ ਗੂਜਰੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 508 ਤੱਕ ਹੈ।

ਅੰਗ 508 ਤੋਂ ਗੂਜਰੀ ਕੀ ਵਾਰ ਮਹਲਾ ੩ ਸਿਕੰਦਰ ਬਿਰਾਹਿਮ ਕੀ ਵਾਰ ਕੀ ਧੁਨੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 517 ਤੱਕ ਹੈ।

ਅੰਗ 517 ਤੋਂ ਰਾਗੁ ਗੂਜਰੀ ਵਾਰ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 524 ਤੱਕ ਹੈ।

ਅੰਗ 524 ਤੋਂ ਰਾਗੁ ਗੂਜਰੀ ਭਗਤਾ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ, ਅੰਗ 527 ਤੱਕ ਹੈ।

ਅੰਗ 527 ਤੋਂ ਰਾਗੁ ਦੇਵਗੰਧਾਰੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 528 ਤੱਕ ਹੈ।

ਅੰਗ 528 ਤੋਂ ਦੇਵਗੰਧਾਰੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 536 ਤੱਕ ਹੈ।

ਅੰਗ 536 ’ਤੇ ਰਾਗੁ ਦੇਵਗੰਧਾਰੀ ਮਹਲਾ ੯ ਬਾਣੀ ਹੈ।

ਅੰਗ 537 ’ਤੇ ਰਾਗੁ ਬਿਹਾਗੜਾ ਚਉਪਦੇ ਮਹਲਾ ੫ ਅਤੇ ਰਾਗੁ ਬਿਹਾਗੜਾ ਮਹਲਾ ੯ ਬਾਣੀ ਹੈ।

ਅੰਗ 537 ਤੋਂ ਹੀ ਰਾਗੁ ਬਿਹਾਗੜਾ ਛੰਤ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 541 ਤੱਕ ਹੈ।

ਅੰਗ 541 ਤੋਂ ਬਿਹਾਗੜਾ ਮਹਲਾ ੫ ਛੰਤ... ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 548 ਤੱਕ ਹੈ।

ਅੰਗ 548 ਤੋਂ ਬਿਹਾਗੜੇ ਕੀ ਵਾਰ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 556 ਤੱਕ ਹੈ। ਇਸ ਵਾਰ ਵਿਚ ਸਲੋਕ ਪਹਿਲੇ ਪਾਤਸ਼ਾਹ, ਸਲੋਕ ਤੀਜੇ ਪਾਤਸ਼ਾਹ, ਸਲੋਕ ਪੰਜਵੇਂ ਪਾਤਸ਼ਾਹ ਅਤੇ ਸਲੋਕੁ ਮਰਦਾਨਾ ੧ **ਬਾਣੀ ਹੈ।**

ਰਾਗੁ ਵਡਹੰਸੁ ਮਹਲਾ ੧

ਅੰਗ 556 ਤੋਂ ਰਾਗੁ ਵਡਹੰਸੁ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 557 ਤੱਕ ਹੈ।

ੴ ☬ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਵਡਹੰਸੁ ਮਹਲਾ ੧ ਘਰੁ ੧ ॥

ਅਮਲੀ ਅਮਲੁ ਨ ਅੰਬੜੈ ਮਛੀ ਨੀਰੁ ਨ ਹੋਇ ॥ ਜੋ ਰਤੇ ਸਹਿ ਆਪਣੈ ਤਿਨ ਭਾਵੈ ਸਭੁ ਕੋਇ ॥੧॥ ਹਉ ਵਾਰੀ ਵੰਞਾ ਖੰਨੀਐ ਵੰਞਾ ਤਉ ਸਾਹਿਬ ਕੇ ਨਾਵੈ ॥੧॥ ਰਹਾਉ ॥ ਸਾਹਿਬੁ ਸਫਲਿਓ ਰੁਖੜਾ ਅੰਮ੍ਰਿਤੁ ਜਾ ਕਾ ਨਾਉ ॥ ਜਿਨ ਪੀਆ ਤੇ ਤ੍ਰਿਪਤ ਭਏ ਹਉ ਤਿਨ ਬਲਿਹਾਰੈ ਜਾਉ ॥੨॥ ਮੈ ਕੀ ਨਦਰਿ ਨ ਆਵਹੀ ਵਸਹਿ ਹਭੀਆਂ ਨਾਲਿ ॥ ਤਿਖਾ ਤਿਹਾਇਆ ਕਿਉ ਲਹੈ ਜਾ ਸਰ ਭੀਤਰਿ ਪਾਲਿ ॥੩॥ ਨਾਨਕੁ ਤੇਰਾ ਬਾਣੀਆ ਤੂ ਸਾਹਿਬੁ ਮੈ ਰਾਸਿ ॥ ਮਨ ਤੇ ਧੋਖਾ ਤਾ ਲਹੈ ਜਾ ਸਿਫਤਿ ਕਰੀ ਅਰਦਾਸਿ ॥੪॥੧॥ ਵਡਹੰਸੁ ਮਹਲਾ ੧ ॥ ਗੁਣਵੰਤੀ ਸਹੁ ਰਾਵਿਆ ਨਿਰਗੁਣਿ ਕੂਕੇ ਕਾਇ ॥ ਜੇ ਗੁਣਵੰਤੀ ਥੀ ਰਹੈ ਤਾ ਭੀ ਸਹੁ ਰਾਵਣ ਜਾਇ ॥੧॥ ਮੇਰਾ ਕੰਤੁ ਰੀਸਾਲੂ ਕੀ ਧਨ ਅਵਰਾ ਰਾਵੇ ਜੀ ॥੧॥ ਰਹਾਉ ॥ ਕਰਣੀ ਕਾਮਣ ਜੇ ਥੀਐ ਜੇ ਮਨੁ ਧਾਗਾ ਹੋਇ ॥ ਮਾਣਕੁ ਮੁਲਿ ਨ ਪਾਈਐ ਲੀਜੈ ਚਿਤਿ ਪਰੋਇ ॥੨॥ ਰਾਹੁ ਦਸਾਈ ਨ ਜੁਲਾਂ ਆਖਾਂ ਅੰਮੜੀਆਸੁ ॥ ਤੈ ਸਹ ਨਾਲਿ ਅਕੂਅਣਾ ਕਿਉ ਥੀਵੈ ਘਰ ਵਾਸੁ ॥੩॥ ਨਾਨਕ ਏਕੀ ਬਾਹਰਾ ਦੂਜਾ ਨਾਹੀ ਕੋਇ ॥ ਤੈ ਸਹ ਲਗੀ ਜੇ ਰਹੈ ਭੀ ਸਹੁ ਰਾਵੈ ਸੋਇ ॥੪॥੨॥ ਵਡਹੰਸੁ ਮਹਲਾ ੧ ਘਰੁ ੨ ॥ ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ ॥ ਤੇਰੇ ਮੁੰਧ ਕਟਾਰੇ ਜੇਵਡਾ ਤਿਨਿ ਲੋਭੀ ਲੋਭ ਲੁਭਾਇਆ ॥ ਤੇਰੇ ਦਰਸਨ ਵਿਟਹੁ ਖੰਨੀਐ ਵੰਞਾ ਤੇਰੇ ਨਾਮ ਵਿਟਹੁ ਕੁਰਬਾਣੋ ॥ ਜਾ ਤੂ ਤਾ ਮੈ ਮਾਣੁ ਕੀਆ ਹੈ ਤੁਧੁ ਬਿਨੁ ਕੇਹਾ ਮੇਰਾ ਮਾਣੋ ॥ ਚੂੜਾ ਭੰਨੁ ਪਲੰਘ ਸਿਉ ਮੁੰਧੇ ਸਣੁ ਬਾਹੀ ਸਣੁ ਬਾਹਾ ॥ ਏਤੇ ਵੇਸ ਕਰੇਦੀਏ ਮੁੰਧੇ ਸਹੁ ਰਾਤੋ ਅਵਰਾਹਾ ॥ ਨਾ ਮਨੀਆਰੁ ਨ ਚੂੜੀਆ ਨਾ ਸੇ ਵੰਗੁੜੀਆਹਾ ॥ ਜੋ ਸਹ ਕੰਠਿ ਨ ਲਗੀਆ ਜਲਨੁ ਸਿ ਬਾਹੜੀਆਹਾ ॥ ਸਭਿ ਸਹੀਆ ਸਹੁ ਰਾਵਣਿ ਗਈਆ ਹਉ ਦਾਧੀ ਕੈ ਦਰਿ ਜਾਵਾ ॥ ਅੰਮਾਲੀ ਹਉ ਖਰੀ ਸੁਚਜੀ ਤੈ ਸਹ ਏਕਿ ਨ ਭਾਵਾ ॥ ਮਾਠਿ ਗੁੰਦਾਈਂ ਪਟੀਆ ਭਰੀਐ ਮਾਗ ਸੰਧੂਰੇ ॥ ਅਗੈ ਗਈ ਨ ਮੰਨੀਆ ਮਰਉ ਵਿਸੂਰਿ ਵਿਸੂਰੇ ॥ ਮੈ ਰੋਵੰਦੀ ਸਭੁ ਜਗੁ ਰੁਨਾ ਰੁੰਨੜੇ ਵਣਹੁ ਪੰਖੇਰੂ ॥ ਇਕੁ ਨ ਰੁਨਾ ਮੇਰੇ ਤਨ ਕਾ ਬਿਰਹਾ ਜਿਨਿ ਹਉ ਪਿਰਹੁ ਵਿਛੋੜੀ ॥ ਸੁਪਨੈ ਆਇਆ ਭੀ ਗਇਆ ਮੈ ਜਲੁ ਭਰਿਆ ਰੋਇ ॥ ਆਇ ਨ ਸਕਾ ਤੁਝ ਕਨਿ ਪਿਆਰੇ ਭੇਜਿ ਨ ਸਕਾ ਕੋਇ ॥ ਆਉ ਸਭਾਗੀ

ਨੀਦੜੀਏ ਮਤੁ ਸਹੁ ਦੇਖਾ ਸੋਇ ॥ ਤੈ ਸਾਹਿਬ ਕੀ ਬਾਤ ਜਿ ਆਖੈ ਕਹੁ ਨਾਨਕ ਕਿਆ ਦੀਜੈ ॥ ਸੀਸੁ ਵਢੇ ਕਰਿ ਬੈਸਣੁ ਦੀਜੈ ਵਿਣੁ ਸਿਰ ਸੇਵ ਕਰੀਜੈ ॥ ਕਿਉ ਨ ਮਰੀਜੈ ਜੀਅੜਾ ਨ ਦੀਜੈ ਜਾ ਸਹੁ ਭਇਆ ਵਿਡਾਣਾ ॥੧॥੩॥

ਅੰਗ 558 ਤੋਂ ਵਡਹੰਸੁ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 560 ਤੱਕ ਹੈ।

ਅੰਗ 560 ਤੋਂ ਵਡਹੰਸੁ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 562 ਤੱਕ ਹੈ।

ਅੰਗ 562 ਤੋਂ ਵਡਹੰਸੁ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 564 ਤੱਕ ਹੈ।

ਅੰਗ 564 ਤੋਂ ਵਡਹੰਸੁ ਮਹਲਾ ੩ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 565 ਤੱਕ ਹੈ।

ਵਡਹੰਸੁ ਮਹਲਾ ੧ ਛੰਤ

ਅੰਗ 565 ਤੋਂ ਵਡਹੰਸੁ ਮਹਲਾ ੧ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 567 ਤੱਕ ਹੈ।

ਵਡਹੰਸੁ ਮਹਲਾ ੧ ਛੰਤ ੴ ਸਤਿਗੁਰ ਪ੍ਰਸਾਦਿ ॥

ਕਾਇਆ ਕੂੜਿ ਵਿਗਾੜਿ ਕਾਹੇ ਨਾਈਐ ॥ ਨਾਤਾ ਸੋ ਪਰਵਾਣੁ ਸਚੁ ਕਮਾਈਐ ॥ ਜਬ ਸਾਚ ਅੰਦਰਿ ਹੋਇ ਸਾਚਾ ਤਾਮਿ ਸਾਚਾ ਪਾਈਐ ॥ ਲਿਖੇ ਬਾਝਹੁ ਸੁਰਤਿ ਨਾਹੀ ਬੋਲਿ ਬੋਲਿ ਗਵਾਈਐ ॥ ਜਿਥੈ ਜਾਇ ਬਹੀਐ ਭਲਾ ਕਹੀਐ ਸੁਰਤਿ ਸਬਦੁ ਲਿਖਾਈਐ ॥ ਕਾਇਆ ਕੂੜਿ ਵਿਗਾੜਿ ਕਾਹੇ ਨਾਈਐ ॥੧॥ ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥ ਅੰਮ੍ਰਿਤੁ ਹਰਿ ਕਾ ਨਾਮੁ ਮੇਰੈ ਮਨਿ ਭਾਇਆ ॥ ਨਾਮੁ ਮੀਠਾ ਮਨਹਿ ਲਾਗਾ ਦੂਖਿ ਡੇਰਾ ਢਾਹਿਆ ॥ ਸੂਖੁ ਮਨ ਮਹਿ ਆਇ ਵਸਿਆ ਜਾਮਿ ਤੈ ਫੁਰਮਾਇਆ ॥ ਨਦਰਿ ਤੁਧੁ ਅਰਦਾਸਿ ਮੇਰੀ ਜਿੰਨਿ ਆਪੁ ਉਪਾਇਆ ॥ ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥੨॥ ਵਾਰੀ ਖਸਮੁ ਕਢਾਏ ਕਿਰਤੁ ਕਮਾਵਣਾ ॥ ਮੰਦਾ ਕਿਸੈ ਨ ਆਖਿ ਝਗੜਾ ਪਾਵਣਾ ॥ ਨਹ ਪਾਇ ਝਗੜਾ ਸੁਆਮਿ ਸੇਤੀ ਆਪਿ ਆਪੁ ਵਞਾਵਣਾ ॥ ਜਿਸੁ ਨਾਲਿ ਸੰਗਤਿ ਕਰਿ ਸਰੀਕੀ ਜਾਇ ਕਿਆ ਰੂਆਵਣਾ ॥ ਜੋ ਦੇਇ ਸਹਣਾ ਮਨਹਿ ਕਹਣਾ ਆਖਿ ਨਾਹੀ ਵਾਵਣਾ ॥ ਵਾਰੀ ਖਸਮੁ ਕਢਾਏ ਕਿਰਤੁ ਕਮਾਵਣਾ ॥੩॥ ਸਭ ਉਪਾਈਅਨੁ ਆਪਿ ਆਪੇ ਨਦਰਿ ਕਰੇ ॥ ਕਉੜਾ ਕੋਇ ਨ ਮਾਗੈ ਮੀਠਾ ਸਭ ਮਾਗੈ ॥ ਸਭੁ ਕੋਇ ਮੀਠਾ ਮੰਗਿ ਦੇਖੈ ਖਸਮ ਭਾਵੈ ਸੋ ਕਰੇ ॥ ਕਿਛੁ ਪੁੰਨ ਦਾਨ ਅਨੇਕ ਕਰਣੀ ਨਾਮ ਤੁਲਿ ਨ ਸਮਸਰੇ ॥ ਨਾਨਕਾ ਜਿਨ ਨਾਮੁ ਮਿਲਿਆ ਕਰਮੁ ਹੋਆ ਧੁਰ ਕਦੇ ॥ ਸਭ ਉਪਾਈਅਨੁ ਆਪਿ ਆਪੇ ਨਦਰਿ ਕਰੇ ॥੪॥੧॥ ਵਡਹੰਸੁ ਮਹਲਾ ੧ ॥ ਕਰਹੁ ਦਇਆ ਤੇਰਾ ਨਾਮੁ ਵਖਾਣਾ ॥ ਸਭ ਉਪਾਈਐ ਆਪਿ ਆਪੇ ਸਰਬ ਸਮਾਣਾ ॥ ਸਰਬੇ ਸਮਾਣਾ ਆਪਿ ਤੂਹੈ ਉਪਾਇ ਧੰਧੈ ਲਾਈਆ ॥ ਇਕਿ ਤੁਝ ਹੀ ਕੀਏ ਰਾਜੇ ਇਕਨਾ ਭਿਖ ਭਵਾਈਆ ॥ ਲੋਭੁ ਮੋਹੁ ਤੁਝੁ ਕੀਆ ਮੀਠਾ ਏਤੁ ਭਰਮਿ ਭੁਲਾਣਾ ॥ ਸਦਾ ਦਇਆ ਕਰਹੁ ਅਪਣੀ ਤਾਮਿ ਨਾਮੁ ਵਖਾਣਾ ॥੧॥ ਨਾਮੁ ਤੇਰਾ ਹੈ ਸਾਚਾ ਸਦਾ ਮੈ ਮਨਿ ਭਾਣਾ ॥ ਦੂਖੁ ਗਇਆ ਸੁਖੁ ਆਇ ਸਮਾਣਾ ॥ ਗਾਵਨਿ ਸੁਰਿ ਨਰ ਸੁਘੜ ਸੁਜਾਣਾ ॥ ਸੁਰਿ ਨਰ ਸੁਘੜ ਸੁਜਾਣ ਗਾਵਹਿ ਜੋ ਤੇਰੈ ਮਨਿ ਭਾਵਹੇ ॥ ਮਾਇਆ ਮੋਹੇ ਚੇਤਹਿ ਨਾਹੀ ਅਹਿਲਾ ਜਨਮੁ ਗਵਾਵਹੇ ॥ ਇਕਿ ਮੂੜ ਮੁਗਧ ਨ ਚੇਤਹਿ ਮੂਲੇ ਜੋ ਆਇਆ ਤਿਸੁ ਜਾਣਾ ॥ ਨਾਮ ਤੇਰਾ ਸਦਾ ਸਾਚਾ ਸੋਇ ਮੈ ਮਨਿ ਭਾਣਾ ॥੨॥ ਤੇਰਾ ਵਖਤੁ ਸੁਹਾਵਾ ਅੰਮ੍ਰਿਤੁ

ਤੇਰੀ ਬਾਣੀ ॥ ਸੇਵਕ ਸੇਵਹਿ ਭਾਉ ਕਰਿ ਲਾਗਾ ਸਾਉ ਪਰਾਣੀ ॥ ਸਾਉ ਪ੍ਰਾਣੀ ਤਿਨਾ ਲਾਗਾ ਜਿਨੀ ਅੰਮ੍ਰਿਤੁ ਪਾਇਆ ॥ ਨਾਮਿ ਤੇਰੈ ਜੋਇ ਰਾਤੇ ਨਿਤ ਚੜਹਿ ਸਵਾਇਆ ॥ ਇਕੁ ਕਰਮੁ ਧਰਮੁ ਨ ਹੋਇ ਸੰਜਮੁ ਜਾਮਿ ਨ ਏਕੁ ਪਛਾਣੀ ॥ ਵਖਤੁ ਸੁਹਾਵਾ ਸਦਾ ਤੇਰਾ ਅੰਮ੍ਰਿਤ ਤੇਰੀ ਬਾਣੀ ॥੩॥ ਹਉ ਬਲਿਹਾਰੀ ਸਾਚੇ ਨਾਵੈ ॥ ਰਾਜੁ ਤੇਰਾ ਕਬਹੁ ਨ ਜਾਵੈ ॥ ਰਾਜੋ ਤ ਤੇਰਾ ਸਦਾ ਨਿਹਚਲੁ ਏਹੁ ਕਬਹੁ ਨ ਜਾਵਏ ॥ ਚਾਕਰੁ ਤ ਤੇਰਾ ਸੋਇ ਹੋਵੈ ਜੋਇ ਸਹਜਿ ਸਮਾਵਏ ॥ ਦੁਸਮਨੁ ਤ ਦੂਖੁ ਨ ਲਗੈ ਮੂਲੇ ਪਾਪੁ ਨੇੜਿ ਨ ਆਵਏ ॥ ਹਉ ਬਲਿਹਾਰੀ ਸਦਾ ਹੋਵਾ ਏਕ ਤੇਰੇ ਨਾਵਏ ॥੪॥ ਜੁਗਹ ਜੁਗੰਤਰਿ ਭਗਤ ਤੁਮਾਰੇ ॥ ਕੀਰਤਿ ਕਰਹਿ ਸੁਆਮੀ ਤੇਰੈ ਦੁਆਰੇ ॥ ਜਪਹਿ ਤ ਸਾਚਾ ਏਕੁ ਮੁਰਾਰੇ ॥ ਸਾਚਾ ਮੁਰਾਰੇ ਤਾਮਿ ਜਾਪਹਿ ਜਾਮਿ ਮੰਨਿ ਵਸਾਵਹੇ ॥ ਭਰਮੋ ਭੁਲਾਵਾ ਤੁਝਹਿ ਕੀਆ ਜਾਮਿ ਏਹੁ ਚੁਕਾਵਹੇ ॥ ਗੁਰ ਪਰਸਾਦੀ ਕਰਹੁ ਕਿਰਪਾ ਲੇਹੁ ਜਮਹੁ ਉਬਾਰੇ ॥ ਜੁਗਹ ਜੁਗੰਤਰਿ ਭਗਤ ਤੁਮਾਰੇ ॥੫॥ ਵਡੇ ਮੇਰੇ ਸਾਹਿਬਾ ਅਲਖ ਅਪਾਰਾ ॥ ਕਿਉ ਕਰਿ ਕਰਉ ਬੇਨੰਤੀ ਹਉ ਆਖਿ ਨ ਜਾਣਾ ॥ ਨਦਰਿ ਕਰਹਿ ਤਾ ਸਾਚੁ ਪਛਾਣਾ ॥ ਸਾਚੋ ਪਛਾਣਾ ਤਾਮਿ ਤੇਰਾ ਜਾਮਿ ਆਪਿ ਬੁਝਾਵਹੇ ॥ ਦੂਖ ਭੂਖ ਸੰਸਾਰਿ ਕੀਏ ਸਹਸਾ ਏਹੁ ਚੁਕਾਵਹੇ ॥ ਬਿਨਵੰਤਿ ਨਾਨਕੁ ਜਾਇ ਸਹਸਾ ਬੁਝੈ ਗੁਰ ਬੀਚਾਰਾ ॥ ਵਡਾ ਸਾਹਿਬੁ ਹੈ ਆਪਿ ਅਲਖ ਅਪਾਰਾ ॥੬॥ ਤੇਰੇ ਬੰਕੇ ਲੋਇਣ ਦੰਤ ਰੀਸਾਲਾ ॥ ਸੋਹਣੇ ਨਕ ਜਿਨ ਲੰਮੜੇ ਵਾਲਾ ॥ ਕੰਚਨ ਕਾਇਆ ਸੁਇਨੇ ਕੀ ਢਾਲਾ ॥ ਸੋਵੰਨ ਢਾਲਾ ਕ੍ਰਿਸਨ ਮਾਲਾ ਜਪਹੁ ਤੁਸੀ ਸਹੇਲੀਹੋ ॥ ਜਮ ਦੁਆਰਿ ਨ ਹੋਹੁ ਖੜੀਆ ਸਿਖ ਸੁਣਹੁ ਮਹੇਲੀਹੋ ॥ ਹੰਸ ਹੰਸਾ ਬਗ ਬਗਾ ਲਹੈ ਮਨ ਕੀ ਜਾਲਾ ॥ ਬੰਕੇ ਲੋਇਣ ਦੰਤ ਰੀਸਾਲਾ ॥੭॥ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥ ਕੁਹਕਨਿ ਕੋਕਿਲਾ ਤਰਲ ਜੁਆਣੀ ॥ ਤਰਲਾ ਜੁਆਣੀ ਆਪਿ ਭਾਣੀ ਇਛ ਮਨ ਕੀ ਪੂਰੀਏ ॥ ਸਾਰੰਗ ਜਿਉ ਪਗੁ ਧਰੈ ਠਿਮਿ ਠਿਮਿ ਆਪਿ ਆਪੁ ਸੰਧੂਰਏ ॥ ਸ੍ਰੀਰੰਗ ਰਾਤੀ ਫਿਰੈ ਮਾਤੀ ਉਦਕੁ ਗੰਗਾ ਵਾਣੀ ॥ ਬਿਨਵੰਤਿ ਨਾਨਕੁ ਦਾਸੁ ਹਰਿ ਕਾ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥੮॥੨॥

ਅੰਗ 567 ਤੋਂ ਵਡਹੰਸੁ ਮਹਲਾ ੩ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 572 ਤੱਕ ਹੈ।

ਅੰਗ 572 ਤੋਂ ਵਡਹੰਸੁ ਮਹਲਾ ੪ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 575 ਤੱਕ ਹੈ।

ਅੰਗ 575 ਤੋਂ ਵਡਹੰਸੁ ਮਹਲਾ ੪ ਘੋੜੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 576 ਤੱਕ ਹੈ।

ਅੰਗ 576 ਤੋਂ ਰਾਗੁ ਵਡਹੰਸੁ ਮਹਲਾ ੫ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 578 ਤੱਕ ਹੈ।

ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ

ਅੰਗ 578 ਤੋਂ ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 582 ਤੱਕ ਹੈ।

ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ ੴ ☬ ਸਤਿਗੁਰ ਪ੍ਰਸਾਦਿ ॥

ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ ॥ ਮੁਹਲਤਿ ਪੁਨੀ ਪਾਈ ਭਰੀ ਜਾਨੀਅੜਾ ਘਤਿ ਚਲਾਇਆ ॥ ਜਾਨੀ ਘਤਿ ਚਲਾਇਆ ਲਿਖਿਆ ਆਇਆ ਰੁੰਨੇ ਵੀਰ ਸਬਾਏ ॥ ਕਾਂਇਆ ਹੰਸ ਥੀਆ ਵੇਛੋੜਾ ਜਾਂ ਦਿਨ ਪੁੰਨੇ ਮੇਰੀ ਮਾਏ ॥ ਜੇਹਾ ਲਿਖਿਆ ਤੇਹਾ ਪਾਇਆ ਜੇਹਾ ਪੁਰਬਿ ਕਮਾਇਆ ॥ ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ ॥੧॥ ਸਾਹਿਬੁ ਸਿਮਰਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ ॥ ਏਥੈ ਧੰਧਾ ਕੂੜਾ ਚਾਰਿ ਦਿਹਾ ਆਗੈ ਸਰਪਰ ਜਾਣਾ ॥ ਆਗੈ ਸਰਪਰ ਜਾਣਾ ਜਿਉ ਮਿਹਮਾਣਾ ਕਾਹੇ ਗਾਰਬੁ ਕੀਜੈ ॥ ਜਿਤੁ ਸੇਵਿਐ ਦਰਗਹ ਸੁਖੁ ਪਾਈਐ ਨਾਮੁ ਤਿਸੈ ਕਾ ਲੀਜੈ ॥ ਆਗੈ ਹੁਕਮੁ ਨ ਚਲੈ ਮੂਲੇ ਸਿਰਿ ਸਿਰਿ ਕਿਆ ਵਿਹਾਣਾ ॥ ਸਾਹਿਬੁ ਸਿਮਰਿਹੁ ਮੇਰੇ ਭਾਈਹੋ ਸਭਨਾ ਇਹੁ ਪਇਆਣਾ ॥੨॥ ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ ॥ ਜਲਿ ਥਲਿ ਮਹੀਅਲਿ ਰਵਿ ਰਹਿਆ ਸਾਚੜਾ ਸਿਰਜਣਹਾਰੋ ॥ ਸਾਚਾ ਸਿਰਜਣਹਾਰੋ ਅਲਖ ਅਪਾਰੋ ਤਾ ਕਾ ਅੰਤੁ ਨ ਪਾਇਆ ॥ ਆਇਆ ਤਿਨ ਕਾ ਸਫਲੁ ਭਇਆ ਹੈ ਇਕ ਮਨਿ ਜਿਨੀ ਧਿਆਇਆ ॥ ਢਾਹੇ ਢਾਹਿ ਉਸਾਰੇ ਆਪੇ ਹੁਕਮਿ ਸਵਾਰਣਹਾਰੋ ॥ ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ ॥੩॥ ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ ॥ ਵਾਲੇਵੇ ਕਾਰਣਿ ਬਾਬਾ ਰੋਈਐ ਰੋਵਣੁ ਸਗਲ ਬਿਕਾਰੋ ॥ ਰੋਵਣੁ ਸਗਲ ਬਿਕਾਰੋ ਗਾਫਲੁ ਸੰਸਾਰੋ ਮਾਇਆ ਕਾਰਣਿ ਰੋਵੈ ॥ ਚੰਗਾ ਮੰਦਾ ਕਿਛੁ ਸੁਝੈ ਨਾਹੀ ਇਹੁ ਤਨੁ ਏਵੈ ਖੋਵੈ ॥ ਐਥੈ ਆਇਆ ਸਭੁ ਕੋ ਜਾਸੀ ਕੂੜਿ ਕਰਹੁ ਅਹੰਕਾਰੋ ॥ ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ ॥੪॥੧॥ ਵਡਹੰਸੁ ਮਹਲਾ ੧ ॥ ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾਂ ॥ ਰੋਵਹ ਬਿਰਹਾ ਤਨ ਕਾ ਆਪਣਾ ਸਾਹਿਬੁ ਸੰਮ੍ਾਲੇਹਾਂ ॥ ਸਾਹਿਬੁ ਸਮ੍ਾਲਿਹ ਪੰਥੁ ਨਿਹਾਲਿਹ ਅਸਾ ਭਿ ਓਥੈ ਜਾਣਾ ॥ ਜਿਸ ਕਾ ਕੀਆ ਤਿਨ ਹੀ ਲੀਆ ਹੋਆ ਤਿਸੈ ਕਾ ਭਾਣਾ ॥ ਜੋ ਤਿਨਿ ਕਰਿ ਪਾਇਆ ਸੁ ਆਗੈ ਆਇਆ ਅਸੀ ਕਿ ਹੁਕਮੁ ਕਰੇਹਾ ॥ ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾ ॥੧॥ ਮਰਣੁ ਨ ਮੰਦਾ ਲੋਕਾ ਆਖੀਐ ਜੇ ਮਰਿ ਜਾਣੈ ਐਸਾ ਕੋਇ ॥ ਸੇਵਿਹੁ ਸਾਹਿਬੁ ਸੰਮ੍ਰਥੁ ਆਪਣਾ ਪੰਥੁ ਸੁਹੇਲਾ ਆਗੈ ਹੋਇ ॥ ਪੰਥਿ ਸੁਹੇਲੈ ਜਾਵਹੁ ਤਾਂ ਫਲੁ ਪਾਵਹੁ ਆਗੈ ਮਿਲੈ ਵਡਾਈ ॥ ਭੇਟੈ ਸਿਉ ਜਾਵਹੁ ਸਚਿ ਸਮਾਵਹੁ ਤਾਂ ਪਤਿ ਲੇਖੈ ਪਾਈ ॥

ਮਹਲੀ ਜਾਇ ਪਾਵਹੁ ਖਸਮੈ ਭਾਵਹੁ ਰੰਗ ਸਿਉ ਰਲੀਆ ਮਾਣੈ ॥ ਮਰਣੁ ਨ ਮੰਦਾ ਲੋਕਾ ਆਖੀਐ ਜੇ ਕੋਈ ਮਰਿ ਜਾਣੈ ॥੨॥ ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥ ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥ ਦਰਗਹ ਮਾਣੁ ਪਾਵਹਿ ਪਤਿ ਸਿਉ ਜਾਵਹਿ ਆਗੈ ਦੂਖੁ ਨ ਲਾਗੈ ॥ ਕਰਿ ਏਕੁ ਧਿਆਵਹਿ ਤਾਂ ਫਲੁ ਪਾਵਹਿ ਜਿਤੁ ਸੇਵਿਐ ਭਉ ਭਾਗੈ ॥ ਊਚਾ ਨਹੀ ਕਹਣਾ ਮਨ ਮਹਿ ਰਹਣਾ ਆਪੇ ਜਾਣੈ ਜਾਣੋ ॥ ਮਰਣੁ ਮੁਣਸਾਂ ਸੂਰਿਆ ਹਕੁ ਹੈ ਜੋ ਹੋਇ ਮਰਹਿ ਪਰਵਾਣੋ ॥੩॥ ਨਾਨਕ ਕਿਸ ਨੋ ਬਾਬਾ ਰੋਈਐ ਬਾਜੀ ਹੈ ਇਹੁ ਸੰਸਾਰੋ ॥ ਕੀਤਾ ਵੇਖੈ ਸਾਹਿਬੁ ਆਪਣਾ ਕੁਦਰਤਿ ਕਰੇ ਬੀਚਾਰੋ ॥ ਕੁਦਰਤਿ ਬੀਚਾਰੇ ਧਾਰਣ ਧਾਰੇ ਜਿਨਿ ਕੀਆ ਸੋ ਜਾਣੈ ॥ ਆਪੇ ਵੇਖੈ ਆਪੇ ਬੂਝੈ ਆਪੇ ਹੁਕਮ ਪਛਾਣੈ ॥ ਜਿਨਿ ਕਿਛੁ ਕੀਆ ਸੋਈ ਜਾਣੈ ਤਾ ਕਾ ਰੂਪੁ ਅਪਾਰੋ ॥ ਨਾਨਕ ਕਿਸ ਨੋ ਬਾਬਾ ਰੋਈਐ ਬਾਜੀ ਹੈ ਇਹੁ ਸੰਸਾਰੋ ॥੪॥੨॥ ਵਡਹੰਸੁ ਮਹਲਾ ੧ ਦਖਣੀ ॥ ਸਚੁ ਸਿਰੰਦਾ ਸਚਾ ਜਾਣੀਐ ਸਚੜਾ ਪਰਵਦਗਾਰੋ ॥ ਜਿਨਿ ਆਪੀਨੈ ਆਪੁ ਸਾਜਿਆ ਸਚੜਾ ਅਲਖ ਅਪਾਰੋ ॥ ਦੁਇ ਪੁੜ ਜੋੜਿ ਵਿਛੋੜਿਅਨੁ ਗੁਰ ਬਿਨੁ ਘੋਰੁ ਅੰਧਾਰੋ ॥ ਸੂਰਜ ਚੰਦੁ ਸਿਰਜਿਅਨੁ ਅਹਿਨਿਸਿ ਚਲਤੁ ਵੀਚਾਰੋ ॥੧॥ ਸਚੜਾ ਸਾਹਿਬੁ ਸਚੁ ਤੂ ਸਚੜਾ ਦੇਹਿ ਪਿਆਰੋ ॥ ਰਹਾਉ ॥ ਤੁਧੁ ਸਿਰਜੀ ਮੇਦਨੀ ਦੁਖੁ ਸੁਖੁ ਦੇਵਣਹਾਰੋ ॥ ਨਾਰੀ ਪੁਰਖ ਸਿਰਜਿਐ ਬਿਖੁ ਮਾਇਆ ਮੋਹੁ ਪਿਆਰੋ ॥ ਖਾਣੀ ਬਾਣੀ ਤੇਰੀਆ ਦੇਹਿ ਜੀਆ ਆਧਾਰੋ ॥ ਕੁਦਰਤਿ ਤਖਤੁ ਰਚਾਇਆ ਸਚਿ ਨਿਬੇੜਣਹਾਰੋ ॥੨॥ ਆਵਾ ਗਵਣੁ ਸਿਰਜਿਆ ਤੂ ਥਿਰੁ ਕਰਣੈਹਾਰੋ ॥ ਜੰਮਣੁ ਮਰਣਾ ਆਇ ਗਇਆ ਬਧਿਕੁ ਜੀਉ ਬਿਕਾਰੋ ॥ ਭੂਡੜੈ ਨਾਮੁ ਵਿਸਾਰਿਆ ਬੂਡੜੈ ਕਿਆ ਤਿਸੁ ਚਾਰੋ ॥ ਗੁਣ ਛੋਡਿ ਬਿਖੁ ਲਦਿਆ ਅਵਗੁਣ ਕਾ ਵਣਜਾਰੋ ॥੩॥ ਸਦੜੇ ਆਏ ਤਿਨਾ ਜਾਨੀਆ ਹੁਕਮਿ ਸਚੇ ਕਰਤਾਰੋ ॥ ਨਾਰੀ ਪੁਰਖ ਵਿਛੁੰਨਿਆ ਵਿਛੁੜਿਆ ਮੇਲਣਹਾਰੋ ॥ ਰੂਪੁ ਨ ਜਾਣੈ ਸੋਹਣੀਐ ਹੁਕਮਿ ਬਧੀ ਸਿਰਿ ਕਾਰੋ ॥ ਬਾਲਕ ਬਿਰਧਿ ਨ ਜਾਣਨੀ ਤੋੜਨਿ ਹੇਤੁ ਪਿਆਰੋ ॥੪॥ ਨਉ ਦਰਿ ਠਾਕੇ ਹੁਕਮਿ ਸਚੈ ਹੰਸੁ ਗਇਆ ਗੈਣਾਰੇ ॥ ਸਾ ਧਨ ਛੁਟੀ ਮੁਠੀ ਝੂਠਿ ਵਿਧਣੀਆ ਮਿਰਤਕੜਾ ਅੰਙਨੜੇ ਬਾਰੇ ॥ ਸੁਰਤਿ ਮੁਈ ਮਰੁ ਮਾਈਏ ਮਹਲ ਰੁੰਨੀ ਦਰ ਬਾਰੇ ॥ ਰੋਵਹੁ ਕੰਤ ਮਹੇਲੀਹੋ ਸਚੇ ਕੇ ਗੁਣ ਸਾਰੇ ॥੫॥ ਜਲਿ ਮਲਿ ਜਾਨੀ ਨਾਵਾਲਿਆ ਕਪੜਿ ਪਟਿ ਅੰਬਾਰੇ ॥ ਵਾਜੇ

ਵਜੇ ਸਚੀ ਬਾਣੀਆ ਪੰਚ ਮੁਏ ਮਨੁ ਮਾਰੇ ॥ ਜਾਨੀ ਵਿਛੁੰਨੜੇ ਮੇਰਾ ਮਰਣੁ ਭਇਆ ਧ੍ਰਿਗੁ ਜੀਵਣੁ ਸੰਸਾਰੇ ॥ ਜੀਵਤੁ ਮਰੈ ਸੁ ਜਾਣੀਐ ਪਿਰ ਸਚੜੈ ਹੇਤਿ ਪਿਆਰੇ ॥੬॥ ਤੁਸੀ ਰੋਵਹੁ ਰੋਵਣ ਆਈਹੋ ਝੂਠਿ ਮੁਠੀ ਸੰਸਾਰੇ ॥ ਹਉ ਮੁਠੜੀ ਧੰਧੈ ਧਾਵਣੀਆ ਪਿਰਿ ਛੋਡਿਅੜੀ ਵਿਧਣਕਾਰੇ ॥ ਘਰਿ ਘਰਿ ਕੰਤੁ ਮਹੇਲੀਆ ਰੂੜੈ ਹੇਤਿ ਪਿਆਰੇ ॥ ਮੈ ਪਿਰੁ ਸਚੁ ਸਲਾਹਣਾ ਹਉ ਰਹਸਿਅੜੀ ਨਾਮਿ ਭਤਾਰੇ ॥੭॥ ਗੁਰਿ ਮਿਲਿਐ ਵੇਸੁ ਪਲਟਿਆ ਸਾ ਧਨ ਸਚੁ ਸੀਗਾਰੋ ॥ ਆਵਹੁ ਮਿਲਹੁ ਸਹੇਲੀਹੋ ਸਿਮਰਹੁ ਸਿਰਜਣਹਾਰੋ ॥ ਬਈਅਰਿ ਨਾਮਿ ਸੋੁਹਾਗਣੀ ਸਚੁ ਸਵਾਰਣਹਾਰੋ ॥ ਗਾਵਹੁ ਗੀਤੁ ਨ ਬਿਰਹੜਾ ਨਾਨਕ ਬ੍ਰਹਮ ਬੀਚਾਰੋ ॥੮॥੩॥ ਵਡਹੰਸੁ ਮਹਲਾ ੧ ॥ ਜਿਨਿ ਜਗੁ ਸਿਰਜਿ ਸਮਾਇਆ ਸੋ ਸਾਹਿਬੁ ਕੁਦਰਤਿ ਜਾਣੋਵਾ ॥ ਸਚੜਾ ਦੂਰਿ ਨ ਭਾਲੀਐ ਘਟਿ ਘਟਿ ਸਬਦੁ ਪਛਾਣੋਵਾ ॥ ਸਚੁ ਸਬਦੁ ਪਛਾਣਹੁ ਦੂਰਿ ਨ ਜਾਣਹੁ ਜਿਨਿ ਏਹ ਰਚਨਾ ਰਾਚੀ ॥ ਨਾਮੁ ਧਿਆਏ ਤਾ ਸੁਖੁ ਪਾਏ ਬਿਨੁ ਨਾਵੈ ਪਿੜ ਕਾਚੀ ॥ ਜਿਨਿ ਥਾਪੀ ਬਿਧਿ ਜਾਣੈ ਸੋਈ ਕਿਆ ਕੋ ਕਹੈ ਵਖਾਣੋ ॥ ਜਿਨਿ ਜਗੁ ਥਾਪਿ ਵਤਾਇਆ ਜਾਲੋੁ ਸੋ ਸਾਹਿਬੁ ਪਰਵਾਣੋ ॥੧॥ ਬਾਬਾ ਆਇਆ ਹੈ ਉਠਿ ਚਲਣਾ ਅਧ ਪੰਧੈ ਹੈ ਸੰਸਾਰੋਵਾ ॥ ਸਿਰਿ ਸਿਰਿ ਸਚੜੈ ਲਿਖਿਆ ਦੁਖੁ ਸੁਖੁ ਪੁਰਬਿ ਵੀਚਾਰੋਵਾ ॥ ਦੁਖੁ ਸੁਖੁ ਦੀਆ ਜੇਹਾ ਕੀਆ ਸੋ ਨਿਬਹੈ ਜੀਅ ਨਾਲੇ ॥ ਜੇਹੇ ਕਰਮ ਕਰਾਏ ਕਰਤਾ ਦੂਜੀ ਕਾਰ ਨ ਭਾਲੇ ॥ ਆਪਿ ਨਿਰਾਲਮੁ ਧੰਧੈ ਬਾਧੀ ਕਰਿ ਹੁਕਮੁ ਛਡਾਵਣਹਾਰੋ ॥ ਅਜੁ ਕਲਿ ਕਰਦਿਆ ਕਾਲੁ ਬਿਆਪੈ ਦੂਜੈ ਭਾਇ ਵਿਕਾਰੋ ॥੨॥ ਜਮ ਮਾਰਗ ਪੰਥੁ ਨ ਸੁਝਈ ਉਝੜੁ ਅੰਧ ਗੁਬਾਰੋਵਾ ॥ ਨਾ ਜਲੁ ਲੇਫ ਤੁਲਾਈਆ ਨਾ ਭੋਜਨ ਪਰਕਾਰੋਵਾ ॥ ਭੋਜਨ ਭਾਉ ਨ ਠੰਢਾ ਪਾਣੀ ਨਾ ਕਾਪੜੁ ਸੀਗਾਰੋ ॥ ਗਲਿ ਸੰਗਲੁ ਸਿਰਿ ਮਾਰੇ ਊਭੌ ਨਾ ਦੀਸੈ ਘਰ ਬਾਰੋ ॥ ਇਬ ਕੇ ਰਾਹੇ ਜੰਮਨਿ ਨਾਹੀ ਪਛੁਤਾਣੇ ਸਿਰਿ ਭਾਰੋ ॥ ਬਿਨੁ ਸਾਚੇ ਕੋ ਬੇਲੀ ਨਾਹੀ ਸਾਚਾ ਏਹੁ ਬੀਚਾਰੋ ॥ ੩॥ ਬਾਬਾ ਰੋਵਹਿ ਰਵਹਿ ਸੁ ਜਾਣੀਅਹਿ ਮਿਲਿ ਰੋਵੈ ਗੁਣ ਸਾਰੇਵਾ ॥ ਰੋਵੈ ਮਾਇਆ ਮੁਠੜੀ ਧੰਧੜਾ ਰੋਵਣਹਾਰੇਵਾ ॥ ਧੰਧਾ ਰੋਵੈ ਮੈਲੁ ਨ ਧੋਵੈ ਸੁਪਨੰਤਰੁ ਸੰਸਾਰੋ ॥ ਜਿਉ ਬਾਜੀਗਰੁ ਭਰਮੈ ਭੂਲੈ ਝੂਠਿ ਮੁਠੀ ਅਹੰਕਾਰੋ ॥ ਆਪੇ ਮਾਰਗਿ ਪਾਵਣਹਾਰਾ ਆਪੇ ਕਰਮ ਕਮਾਏ ॥ ਨਾਮਿ ਰਤੇ ਗੁਰਿ ਪੂਰੈ ਰਾਖੇ ਨਾਨਕ ਸਹਜਿ ਸੁਭਾਏ ॥੪॥੪॥ ਵਡਹੰਸੁ ਮਹਲਾ ੧ ॥ ਬਾਬਾ ਆਇਆ ਹੈ ਉਠਿ ਚਲਣਾ ਇਹੁ ਜਗੁ ਝੂਠੁ

ਪਸਾਰੋਵਾ ॥ ਸਚਾ ਘਰੁ ਸਚੜੈ ਸੇਵੀਐ ਸਚੁ ਖਰਾ ਸਚਿਆਰੋਵਾ ॥ ਕੂੜਿ ਲਬਿ ਜਾਂ ਥਾਇ ਨ ਪਾਸੀ ਅਗੈ ਲਹੈ ਨ ਠਾਓ ॥ ਅੰਤਰਿ ਆਉ ਨ ਬੈਸਹੁ ਕਹੀਐ ਜਿਉ ਸੁੰਞੈ ਘਰਿ ਕਾਓ ॥ ਜੰਮਣੁ ਮਰਣੁ ਵਡਾ ਵੇਛੋੜਾ ਬਿਨਸੈ ਜਗੁ ਸਬਾਏ ॥ ਲਬਿ ਧੰਧੈ ਮਾਇਆ ਜਗਤੁ ਭੁਲਾਇਆ ਕਾਲੁ ਖੜਾ ਰੂਆਏ ॥੧॥ ਬਾਬਾ ਆਵਹੁ ਭਾਈਹੋ ਗਲਿ ਮਿਲਹ ਮਿਲਿ ਮਿਲਿ ਦੇਹ ਆਸੀਸਾ ਹੇ ॥ ਬਾਬਾ ਸਚੜਾ ਮੇਲੁ ਨ ਚੁਕਈ ਪ੍ਰੀਤਮ ਕੀਆ ਦੇਹ ਅਸੀਸਾ ਹੇ ॥ ਆਸੀਸਾ ਦੇਵਹੋ ਭਗਤਿ ਕਰੇਵਹੋ ਮਿਲਿਆ ਕਾ ਕਿਆ ਮੇਲੋ ॥ ਇਕਿ ਭੂਲੇ ਨਾਵਹੁ ਥੇਹਹੁ ਥਾਵਹੁ ਗੁਰ ਸਬਦੀ ਸਚੁ ਖੇਲੋ ॥ ਜਮ ਮਾਰਗਿ ਨਹੀ ਜਾਣਾ ਸਬਦਿ ਸਮਾਣਾ ਜੁਗਿ ਜੁਗਿ ਸਾਚੈ ਵੇਸੇ ॥ ਸਾਜਨ ਸੈਣ ਮਿਲਹੁ ਸੰਜੋਗੀ ਗੁਰ ਮਿਲਿ ਖੋਲੇ ਫਾਸੇ ॥੨॥ ਬਾਬਾ ਨਾਂਗੜਾ ਆਇਆ ਜਗ ਮਹਿ ਦੁਖੁ ਸੁਖੁ ਲੇਖੁ ਲਿਖਾਇਆ ॥ ਲਿਖਿਅੜਾ ਸਾਹਾ ਨਾ ਟਲੈ ਜੇਹੜਾ ਪੁਰਬਿ ਕਮਾਇਆ ॥ ਬਹਿ ਸਾਚੈ ਲਿਖਿਆ ਅੰਮ੍ਰਿਤੁ ਬਿਖਿਆ ਜਿਤੁ ਲਾਇਆ ਤਿਤੁ ਲਾਗਾ ॥ ਕਾਮਣਿਆਰੀ ਕਾਮਣ ਪਾਏ ਬਹੁ ਰੰਗੀ ਗਲਿ ਤਾਗਾ ॥ ਹੋਛੀ ਮਤਿ ਭਇਆ ਮਨੁ ਹੋਛਾ ਗੁੜੁ ਸਾ ਮਖੀ ਖਾਇਆ ॥ ਨਾ ਮਰਜਾਦੁ ਆਇਆ ਕਲਿ ਭੀਤਰਿ ਨਾਂਗੋ ਬੰਧਿ ਚਲਾਇਆ ॥੩॥ ਬਾਬਾ ਰੋਵਹੁ ਜੇ ਕਿਸੈ ਰੋਵਣਾ ਜਾਨੀਅੜਾ ਬੰਧਿ ਪਠਾਇਆ ਹੈ ॥ ਲਿਖਿਅੜਾ ਲੇਖੁ ਨ ਮੇਟੀਐ ਦਰਿ ਹਾਕਾਰੜਾ ਆਇਆ ਹੈ ॥ ਹਾਕਾਰਾ ਆਇਆ ਜਾ ਤਿਸੁ ਭਾਇਆ ਰੁੰਨੇ ਰੋਵਣਹਾਰੇ ॥ ਪੁਤ ਭਾਈ ਭਾਤੀਜੇ ਰੋਵਹਿ ਪ੍ਰੀਤਮ ਅਤਿ ਪਿਆਰੇ ॥ ਭੈ ਰੋਵੈ ਗੁਣ ਸਾਰਿ ਸਮਾਲੇ ਕੋ ਮਰੈ ਨ ਮੁਇਆ ਨਾਲੇ ॥ ਨਾਨਕ ਜੁਗਿ ਜੁਗਿ ਜਾਣ ਸਿਜਾਣਾ ਰੋਵਹਿ ਸਚੁ ਸਮਾਲੇ ॥੪॥੫॥

ਅੰਗ 582 ਤੋਂ ਵਡਹੰਸੁ ਮਹਲਾ ੩ ਮਹਲਾ ਤੀਜਾ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 585 ਤੱਕ ਹੈ।

ਵਡਹੰਸ ਕੀ ਵਾਰ ਮਹਲਾ ੪ ਲਲਾਂ ਬਹਲੀਮਾ ਕੀ ਧੁਨਿ

ਅੰਗ 585 ਤੋਂ ਵਡਹੰਸ ਕੀ ਵਾਰ ਮਹਲਾ ੪ ਲਲਾਂ ਬਹਲੀਮਾ ਕੀ ਧੁਨਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 594 ਤੱਕ ਹੈ। ਚੌਥੇ ਪਾਤਸ਼ਾਹ ਦੇ ਸਿਰਲੇਖ ਹੇਠ ਅੰਕਿਤ ਇਸ ਵਾਰ ਵਿਚ ਪਹਿਲੇ ਅਤੇ ਤੀਜੇ ਪਾਤਸ਼ਾਹ ਦੇ ਸਲੋਕ ਹਨ।

ੴ ਸਤਿਗੁਰ ਪ੍ਰਸਾਦਿ ॥ ਸਲੋਕ ਮਃ ੩ ॥ ਸਬਦਿ ਰਤੇ ਵਡ ਹੰਸ ਹੈ.......

ਮਹਲਾ ੧ ॥ ਜਾਲਉ ਐਸੀ ਰੀਤਿ ਜਿਤੁ ਮੈ ਪਿਆਰਾ ਵੀਸਰੈ ॥ ਨਾਨਕ ਸਾਈ ਭਲੀ ਪਰੀਤਿ ਜਿਤੁ ਸਾਹਿਬ ਸੇਤੀ ਪਤਿ ਰਹੈ ॥੨॥ ਪਉੜੀ ॥ ਹਰਿ ਇਕੋ ਦਾਤਾ ਸੇਵੀਐ ਹਰਿ ਇਕੁ ਧਿਆਈਐ ॥ ਹਰਿ ਇਕੋ ਦਾਤਾ ਮੰਗੀਐ ਮਨ ਚਿੰਦਿਆ ਪਾਈਐ ॥ ਜੇ ਦੂਜੇ ਪਾਸਹੁ ਮੰਗੀਐ ਤਾ ਲਾਜ ਮਰਾਈਐ ॥ ਜਿਨਿ ਸੇਵਿਆ ਤਿਨ ਫਲੁ ਪਾਇਆ ਤਿਸੁ ਜਨ ਕੀ ਸਭ ਭੁਖ ਗਵਾਈਐ ॥ ਨਾਨਕੁ ਤਿਨ ਵਿਟਹੁ ਵਾਰਿਆ ਜਿਨ ਅਨਦਿਨੁ ਹਿਰਦੈ ਹਰਿ ਨਾਮੁ ਧਿਆਈਐ ॥੧●॥

ਸਲੋਕੁ ਮਃ ੩ ॥

ਸਲੋਕੁ ਮਃ ੧ ॥ ਘਰ ਹੀ ਮੁੰਧਿ ਵਿਦੇਸਿ ਪਿਰੁ ਨਿਤ ਝੂਰੇ ਸੰਮ੍ਾਲੇ ॥ ਮਿਲਦਿਆ ਢਿਲ ਨ ਹੋਵਈ ਜੇ ਨੀਅਤਿ ਰਾਸਿ ਕਰੇ ॥੧॥ ਮਃ ੧ ॥ ਨਾਨਕ ਗਾਲੀ ਕੂੜੀਆ ਬਾਝੁ ਪਰੀਤਿ ਕਰੇਇ ॥ ਤਿਚਰੁ ਜਾਣੈ ਭਲਾ ਕਰਿ ਜਿਚਰੁ ਲੇਵੈ ਦੇਇ ॥੨॥ ਪਉੜੀ ॥ ਜਿਨਿ

ਉਪਾਏ ਜੀਅ ਤਿਨਿ ਹਰਿ ਰਾਖਿਆ ॥ ਅੰਮ੍ਰਿਤੁ ਸਚਾ ਨਾਉ ਭੋਜਨੁ ਚਾਖਿਆ ॥ ਤਿਪਤਿ ਰਹੇ ਆਘਾਇ ਮਿਟੀ ਭਭਾਖਿਆ ॥ ਸਭ ਅੰਦਰਿ ਇਕੁ ਵਰਤੈ ਕਿਨੈ ਵਿਰਲੈ ਲਾਖਿਆ ॥ ਜਨ ਨਾਨਕ ਭਏ ਨਿਹਾਲੁ ਪ੍ਰਭ ਕੀ ਪਾਖਿਆ ॥੨●॥

ਸੋਰਠਿ ਮਹਲਾ ੧

ਅੰਗ 595 ਤੋਂ ਸੋਰਠਿ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 599 ਤੱਕ ਹੈ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਸੋਰਠਿ ਮਹਲਾ ੧ ਘਰੁ ੧ ਚਉਪਦੇ ॥

ਸਭਨਾ ਮਰਣਾ ਆਇਆ ਵੇਛੋੜਾ ਸਭਨਾਹ ॥ ਪੁਛਹੁ ਜਾਇ ਸਿਆਣਿਆ ਆਗੈ ਮਿਲਣੁ ਕਿਨਾਹ ॥ ਜਿਨ ਮੇਰਾ ਸਾਹਿਬੁ ਵੀਸਰੈ ਵਡੜੀ ਵੇਦਨ ਤਿਨਾਹ ॥੧॥ ਭੀ ਸਾਲਾਹਿਹੁ ਸਾਚਾ ਸੋਇ ॥ ਜਾ ਕੀ ਨਦਰਿ ਸਦਾ ਸੁਖੁ ਹੋਇ ॥ ਰਹਾਉ ॥ ਵਡਾ ਕਰਿ ਸਾਲਾਹਣਾ ਹੈ ਭੀ ਹੋਸੀ ਸੋਇ ॥ ਸਭਨਾ ਦਾਤਾ ਏਕੁ ਤੂ ਮਾਣਸ ਦਾਤਿ ਨ ਹੋਇ ॥ ਜੋ ਤਿਸੁ ਭਾਵੈ ਸੋ ਥੀਐ ਰੰਨ ਕਿ ਰੁੰਨੈ ਹੋਇ ॥੨॥ ਧਰਤੀ ਉਪਰਿ ਕੋਟ ਗੜ ਕੇਤੀ ਗਈ ਵਜਾਇ ॥ ਜੋ ਅਸਮਾਨਿ ਨ ਮਾਵਨੀ ਤਿਨ ਨਕਿ ਨਥਾ ਪਾਇ ॥ ਜੇ ਮਨ ਜਾਣਹਿ ਸੂਲੀਆ ਕਾਹੇ ਮਿਠਾ

ਖਾਹਿ ॥੩॥ ਨਾਨਕ ਅਉਗੁਣ ਜੇਤੜੇ ਤੇਤੇ ਗਲੀ ਜੰਜੀਰ ॥ ਜੇ ਗੁਣ ਹੋਨਿ ਤ ਕਟੀਅਨਿ ਸੇ ਭਾਈ ਸੇ ਵੀਰ ॥ ਅਗੈ ਗਏ ਨ ਮੰਨੀਅਨਿ ਮਾਰਿ ਕਢਹੁ ਵੇਪੀਰ ॥੪॥੧॥ ਸੋਰਠਿ ਮਹਲਾ ੧ ਘਰੁ ੧ ॥ ਮਨੁ ਹਾਲੀ ਕਿਰਸਾਣੀ ਕਰਣੀ ਸਰਮੁ ਪਾਣੀ ਤਨੁ ਖੇਤੁ ॥ ਨਾਮੁ ਬੀਜੁ ਸੰਤੋਖੁ ਸੁਹਾਗਾ ਰਖੁ ਗਰੀਬੀ ਵੇਸੁ ॥ ਭਾਉ ਕਰਮ ਕਰਿ ਜੰਮਸੀ ਸੇ ਘਰ ਭਾਗਠ ਦੇਖੁ ॥੧॥ ਬਾਬਾ ਮਾਇਆ ਸਾਥਿ ਨ ਹੋਇ ॥ ਇਨਿ ਮਾਇਆ ਜਗੁ ਮੋਹਿਆ ਵਿਰਲਾ ਬੂਝੈ ਕੋਇ ॥ ਰਹਾਉ ॥ ਹਾਣੁ ਹਟੁ ਕਰਿ ਆਰਜਾ ਸਚੁ ਨਾਮੁ ਕਰਿ ਵਥੁ ॥ ਸੁਰਤਿ ਸੋਚ ਕਰਿ ਭਾਂਡਸਾਲ ਤਿਸੁ ਵਿਚਿ ਤਿਸ ਨੋ ਰਖੁ ॥ ਵਣਜਾਰਿਆ ਸਿਉ ਵਣਜੁ ਕਰਿ ਲੈ ਲਾਹਾ ਮਨ ਹਸੁ ॥੨॥ ਸੁਣਿ ਸਾਸਤ ਸਉਦਾਗਰੀ ਸਤੁ ਘੋੜੇ ਲੈ ਚਲੁ ॥ ਖਰਚੁ ਬੰਨੁ ਚੰਗਿਆਈਆ ਮਤੁ ਮਨ ਜਾਣਹਿ ਕਲੁ ॥ ਨਿਰੰਕਾਰ ਕੈ ਦੇਸਿ ਜਾਹਿ ਤਾ ਸੁਖਿ ਲਹਹਿ ਮਹਲੁ ॥੩॥ ਲਾਇ ਚਿਤੁ ਕਰਿ ਚਾਕਰੀ ਮੰਨਿ ਨਾਮੁ ਕਰਿ ਕੰਮੁ ॥ ਬੰਨੁ ਬਦੀਆ ਕਰਿ ਧਾਵਣੀ ਤਾ ਕੋ ਆਖੈ ਧੰਨੁ ॥ ਨਾਨਕ ਵੇਖੈ ਨਦਰਿ ਕਰਿ ਚੜੈ ਚਵਗਣ ਵੰਨੁ ॥੪॥੨॥ ਸੋਰਠਿ ਮਃ ੧ ਚਉਤੁਕੇ ॥ ਮਾਇ ਬਾਪ ਕੋ ਬੇਟਾ ਨੀਕਾ ਸਸੁਰੈ ਚਤੁਰੁ ਜਵਾਈ ॥ ਬਾਲ ਕੰਨਿਆ ਕੌ ਬਾਪੁ ਪਿਆਰਾ ਭਾਈ ਕੌ ਅਤਿ ਭਾਈ ॥ ਹੁਕਮੁ ਭਇਆ ਬਾਹਰੁ ਘਰੁ ਛੋਡਿਆ ਖਿਨ ਮਹਿ ਭਈ ਪਰਾਈ ॥ ਨਾਮੁ ਦਾਨੁ ਇਸਨਾਨੁ ਨ ਮਨਮੁਖਿ ਤਿਤੁ ਤਨਿ ਧੂੜਿ ਧੁਮਾਈ ॥੧॥ ਮਨੁ ਮਾਨਿਆ ਨਾਮੁ ਸਖਾਈ ॥ ਪਾਇ ਪਰਉ ਗੁਰ ਕੈ ਬਲਿਹਾਰੈ ਜਿਨਿ ਸਾਚੀ ਬੂਝ ਬੁਝਾਈ ॥ ਰਹਾਉ ॥ ਜਗ ਸਿਉ ਝੂਠ ਪ੍ਰੀਤਿ ਮਨੁ ਬੇਧਿਆ ਜਨ ਸਿਉ ਵਾਦੁ ਰਚਾਈ ॥ ਮਾਇਆ ਮਗਨੁ ਅਹਿਨਿਸਿ ਮਗੁ ਜੋਹੈ ਨਾਮੁ ਨ ਲੇਵੈ ਮਰੈ ਬਿਖੁ ਖਾਈ ॥ ਗੰਧਣ ਵੈਣਿ ਰਤਾ ਹਿਤਕਾਰੀ ਸਬਦੈ ਸੁਰਤਿ ਨ ਆਈ ॥ ਰੰਗਿ ਨ ਰਾਤਾ ਰਸਿ ਨਹੀ ਬੇਧਿਆ ਮਨਮੁਖਿ ਪਤਿ ਗਵਾਈ ॥੨॥ ਸਾਧ ਸਭਾ ਮਹਿ ਸਹਜੁ ਨ ਚਾਖਿਆ ਜਿਹਬਾ ਰਸੁ ਨਹੀ ਰਾਈ ॥ ਮਨੁ ਤਨੁ ਧਨੁ ਅਪੁਨਾ ਕਰਿ ਜਾਨਿਆ ਦਰ ਕੀ ਖਬਰਿ ਨ ਪਾਈ ॥ ਅਖੀ ਮੀਟਿ ਚਲਿਆ ਅੰਧਿਆਰਾ ਘਰੁ ਦਰੁ ਦਿਸੈ ਨ ਭਾਈ ॥ ਜਮ ਦਰਿ ਬਾਧਾ ਠਉਰ ਨ ਪਾਵੈ ਅਪੁਨਾ ਕੀਆ ਕਮਾਈ ॥੩॥ ਨਦਰਿ ਕਰੇ ਤਾ ਅਖੀ ਵੇਖਾ ਕਹਣਾ ਕਥਨੁ ਨ ਜਾਈ ॥ ਕੰਨੀ ਸੁਣਿ ਸੁਣਿ ਸਬਦਿ ਸਲਾਹੀ ਅੰਮ੍ਰਿਤੁ ਰਿਦੈ ਵਸਾਈ ॥ ਨਿਰਭਉ ਨਿਰੰਕਾਰੁ ਨਿਰਵੈਰੁ ਪੂਰਨ ਜੋਤਿ ਸਮਾਈ ॥ ਨਾਨਕ ਗੁਰ ਵਿਣੁ ਭਰਮੁ ਨ ਭਾਗੈ ਸਚਿ ਨਾਮਿ ਵਡਿਆਈ

॥੪॥੩॥ ਸੋਰਠਿ ਮਹਲਾ ੧ ਦੁਤੁਕੇ ॥ ਪੁੜੁ ਧਰਤੀ ਪੁੜੁ ਪਾਣੀ ਆਸਣੁ ਚਾਰਿ ਕੁੰਟ ਚਉਬਾਰਾ ॥ ਸਗਲ ਭਵਣ ਕੀ ਮੂਰਤਿ ਏਕਾ ਮੁਖਿ ਤੇਰੈ ਟਕਸਾਲਾ ॥੧॥ ਮੇਰੇ ਸਾਹਿਬਾ ਤੇਰੇ ਚੋਜ ਵਿਡਾਣਾ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਆਪੇ ਸਰਬ ਸਮਾਣਾ ॥ ਰਹਾਉ ॥ ਜਹ ਜਹ ਦੇਖਾ ਤਹ ਜੋਤਿ ਤੁਮਾਰੀ ਤੇਰਾ ਰੂਪੁ ਕਿਨੇਹਾ ॥ ਇਕਤੁ ਰੂਪਿ ਫਿਰਹਿ ਪਰਛੰਨਾ ਕੋਇ ਨ ਕਿਸ ਹੀ ਜੇਹਾ ॥੨॥ ਅੰਡਜ ਜੇਰਜ ਉਤਭੁਜ ਸੇਤਜ ਤੇਰੇ ਕੀਤੇ ਜੰਤਾ ॥ ਏਕੁ ਪੁਰਬੁ ਮੈ ਤੇਰਾ ਦੇਖਿਆ ਤੂ ਸਭਨਾ ਮਾਹਿ ਰਵੰਤਾ ॥੩॥ ਤੇਰੇ ਗੁਣ ਬਹੁਤੇ ਮੈ ਏਕੁ ਨ ਜਾਣਿਆ ਮੈ ਮੂਰਖ ਕਿਛੁ ਦੀਜੈ ॥ ਪ੍ਰਣਵਤਿ ਨਾਨਕ ਸੁਣਿ ਮੇਰੇ ਸਾਹਿਬਾ ਡੁਬਦਾ ਪਥਰੁ ਲੀਜੈ ॥੪॥੪॥ ਸੋਰਠਿ ਮਹਲਾ ੧ ॥ ਹਉ ਪਾਪੀ ਪਤਿਤੁ ਪਰਮ ਪਾਖੰਡੀ ਤੂ ਨਿਰਮਲੁ ਨਿਰੰਕਾਰੀ ॥ ਅੰਮ੍ਰਿਤੁ ਚਾਖਿ ਪਰਮ ਰਸਿ ਰਾਤੇ ਠਾਕੁਰ ਸਰਣਿ ਤੁਮਾਰੀ ॥੧॥ ਕਰਤਾ ਤੂ ਮੈ ਮਾਣੁ ਨਿਮਾਣੇ ॥ ਮਾਣੁ ਮਹਤੁ ਨਾਮੁ ਧਨੁ ਪਲੈ ਸਾਚੈ ਸਬਦਿ ਸਮਾਣੇ ॥ ਰਹਾਉ ॥ ਤੂ ਪੂਰਾ ਹਮ ਊਰੇ ਹੋਛੇ ਤੂ ਗਉਰਾ ਹਮ ਹਉਰੇ ॥ ਤੁਝ ਹੀ ਮਨ ਰਾਤੇ ਅਹਿਨਿਸਿ ਪਰਭਾਤੇ ਹਰਿ ਰਸਨਾ ਜਪਿ ਮਨ ਰੇ ॥੨॥ ਤੁਮ ਸਾਚੇ ਹਮ ਤੁਮ ਹੀ ਰਾਚੇ ਸਬਦਿ ਭੇਦਿ ਫੁਨਿ ਸਾਚੇ ॥ ਅਹਿਨਿਸਿ ਨਾਮਿ ਰਤੇ ਸੇ ਸੂਚੇ ਮਰਿ ਜਨਮੇ ਸੇ ਕਾਚੇ ॥੩॥ ਅਵਰੁ ਨ ਦੀਸੈ ਕਿਸੁ ਸਾਲਾਹੀ ਤਿਸਹਿ ਸਰੀਕੁ ਨ ਕੋਈ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਗੁਰਮਤਿ ਜਾਨਿਆ ਸੋਈ ॥੪॥੫॥ ਸੋਰਠਿ ਮਹਲਾ ੧ ॥ ਅਲਖ ਅਪਾਰ ਅਗੰਮ ਅਗੋਚਰ ਨਾ ਤਿਸੁ ਕਾਲੁ ਨ ਕਰਮਾ ॥ ਜਾਤਿ ਅਜਾਤਿ ਅਜੋਨੀ ਸੰਭਉ ਨਾ ਤਿਸੁ ਭਾਉ ਨ ਭਰਮਾ ॥੧॥ ਸਾਚੇ ਸਚਿਆਰ ਵਿਟਹੁ ਕੁਰਬਾਣੁ ॥ ਨਾ ਤਿਸੁ ਰੂਪ ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਣੁ ॥ ਰਹਾਉ ॥ ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ ਨਾਰੀ ॥ ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ ॥੨॥ ਘਟ ਘਟ ਅੰਤਰਿ ਬ੍ਰਹਮੁ ਲੁਕਾਇਆ ਘਟਿ ਘਟਿ ਜੋਤਿ ਸਬਾਈ ॥ ਬਜਰ ਕਪਾਟ ਮੁਕਤੇ ਗੁਰਮਤੀ ਨਿਰਭੈ ਤਾੜੀ ਲਾਈ ॥੩॥ ਜੰਤ ਉਪਾਇ ਕਾਲੁ ਸਿਰਿ ਜੰਤਾ ਵਸਗਤਿ ਜੁਗਤਿ ਸਬਾਈ ॥ ਸਤਿਗੁਰੁ ਸੇਵਿ ਪਦਾਰਥੁ ਪਾਵਹਿ ਛੂਟਹਿ ਸਬਦੁ ਕਮਾਈ ॥੪॥ ਸੂਚੈ ਭਾਡੈ ਸਾਚੁ ਸਮਾਵੈ ਵਿਰਲੇ ਸੂਚਾਚਾਰੀ ॥ ਤੰਤੈ ਕਉ ਪਰਮ ਤੰਤੁ ਮਿਲਾਇਆ ਨਾਨਕ ਸਰਣਿ ਤੁਮਾਰੀ ॥੫॥੬॥ ਸੋਰਠਿ ਮਹਲਾ ੧ ॥ ਜਿਉ ਮੀਨਾ ਬਿਨੁ ਪਾਣੀਐ ਤਿਉ ਸਾਕਤੁ ਮਰੈ ਪਿਆਸ ॥ ਤਿਉ ਹਰਿ ਬਿਨੁ

ਮਰੀਐ ਰੇ ਮਨਾ ਜੋ ਬਿਰਥਾ ਜਾਵੈ ਸਾਸੁ ॥੧॥ ਮਨ ਰੇ ਰਾਮ ਨਾਮ ਜਸੁ ਲੇਇ ॥ ਬਿਨੁ ਗੁਰ ਇਹੁ ਰਸੁ ਕਿਉ ਲਹਉ ਗੁਰੁ ਮੇਲੈ ਹਰਿ ਦੇਇ ॥ ਰਹਾਉ ॥ ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ ॥ ਅਠਸਠਿ ਤੀਰਥ ਮਜਨਾ ਗੁਰ ਦਰਸੁ ਪਰਾਪਤਿ ਹੋਇ ॥੨॥ ਜਿਉ ਜੋਗੀ ਜਤ ਬਾਹਰਾ ਤਪੁ ਨਾਹੀ ਸਤੁ ਸੰਤੋਖੁ ॥ ਤਿਉ ਨਾਮੈ ਬਿਨੁ ਦੇਹੁਰੀ ਜਮੁ ਮਾਰੈ ਅੰਤਰਿ ਦੋਖੁ ॥੩॥ ਸਾਕਤ ਪ੍ਰੇਮੁ ਨ ਪਾਈਐ ਹਰਿ ਪਾਈਐ ਸਤਿਗੁਰ ਭਾਇ ॥ ਸੁਖ ਦੁਖ ਦਾਤਾ ਗੁਰੁ ਮਿਲੈ ਕਹੁ ਨਾਨਕ ਸਿਫਤਿ ਸਮਾਇ ॥੪॥੭॥ ਸੋਰਠਿ ਮਹਲਾ ੧ ॥ ਤੂ ਪ੍ਰਭ ਦਾਤਾ ਦਾਨਿ ਮਤਿ ਪੂਰਾ ਹਮ ਥਾਰੇ ਭੇਖਾਰੀ ਜੀਉ ॥ ਮੈ ਕਿਆ ਮਾਗਉ ਕਿਛੁ ਥਿਰੁ ਨ ਰਹਾਈ ਹਰਿ ਦੀਜੈ ਨਾਮੁ ਪਿਆਰੀ ਜੀਉ ॥੧॥ ਘਟਿ ਘਟਿ ਰਵਿ ਰਹਿਆ ਬਨਵਾਰੀ ॥ ਜਲਿ ਥਲਿ ਮਹੀਅਲਿ ਗੁਪਤੋ ਵਰਤੈ ਗੁਰ ਸਬਦੀ ਦੇਖਿ ਨਿਹਾਰੀ ਜੀਉ ॥ ਰਹਾਉ ॥ ਮਰਤ ਪਇਆਲ ਅਕਾਸੁ ਦਿਖਾਇਓ ਗੁਰਿ ਸਤਿਗੁਰਿ ਕਿਰਪਾ ਧਾਰੀ ਜੀਉ ॥ ਸੋ ਬ੍ਰਹਮੁ ਅਜੋਨੀ ਹੈ ਭੀ ਹੋਨੀ ਘਟ ਭੀਤਰਿ ਦੇਖੁ ਮੁਰਾਰੀ ਜੀਉ ॥੨॥ ਜਨਮ ਮਰਨ ਕਉ ਇਹੁ ਜਗੁ ਬਪੜੋ ਇਨਿ ਦੂਜੈ ਭਗਤਿ ਵਿਸਾਰੀ ਜੀਉ ॥ ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ ॥੩॥ ਸਤਿਗੁਰ ਬੰਧਨ ਤੋੜਿ ਨਿਰਾਰੇ ਬਹੁੜਿ ਨ ਗਰਭ ਮਝਾਰੀ ਜੀਉ ॥ ਨਾਨਕ ਗਿਆਨ ਰਤਨੁ ਪਰਗਾਸਿਆ ਹਰਿ ਮਨਿ ਵਸਿਆ ਨਿਰੰਕਾਰੀ ਜੀਉ ॥੪॥੮॥ ਸੋਰਠਿ ਮਹਲਾ ੧ ॥ ਜਿਸੁ ਜਲ ਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ ॥ ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ ॥੧॥ ਮਨ ਰੇ ਥਿਰੁ ਰਹੁ ਮਤੁ ਕਤ ਜਾਹੀ ਜੀਉ ॥ ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ ॥ ਰਹਾਉ ॥ ਅਵਗੁਣ ਛੋਡਿ ਗੁਣਾ ਕਉ ਧਾਵਹੁ ਕਰਿ ਅਵਗੁਣ ਪਛੁਤਾਹੀ ਜੀਉ ॥ ਸਰ ਅਪਸਰ ਕੀ ਸਾਰ ਨ ਜਾਣਹਿ ਫਿਰਿ ਫਿਰਿ ਕੀਚ ਬੁਡਾਹੀ ਜੀਉ ॥੨॥ ਅੰਤਰਿ ਮੈਲੁ ਲੋਭ ਬਹੁ ਝੂਠੇ ਬਾਹਰਿ ਨਾਵਹੁ ਕਾਹੀ ਜੀਉ ॥ ਨਿਰਮਲ ਨਾਮੁ ਜਪਹੁ ਸਦ ਗੁਰਮੁਖਿ ਅੰਤਰ ਕੀ ਗਤਿ ਤਾਹੀ ਜੀਉ ॥੩॥ ਪਰਹਰਿ ਲੋਭੁ ਨਿੰਦਾ ਕੂੜੁ ਤਿਆਗਹੁ ਸਚੁ ਗੁਰ ਬਚਨੀ ਫਲੁ ਪਾਹੀ ਜੀਉ ॥ ਜਿਉ ਭਾਵੈ ਤਿਉ ਰਾਖਹੁ ਹਰਿ ਜੀਉ ਜਨ ਨਾਨਕ ਸਬਦਿ ਸਲਾਹੀ ਜੀਉ ॥੪॥੯॥ ਸੋਰਠਿ ਮਹਲਾ ੧ ਪੰਚਪਦੇ ॥ ਅਪਨਾ ਘਰੁ ਮੂਸਤ ਰਾਖਿ ਨ ਸਾਕਹਿ ਕੀ ਪਰ ਘਰੁ ਜੋਹਨ ਲਾਗਾ ॥ ਘਰੁ ਦਰੁ ਰਾਖਹਿ ਜੇ

ਰਸੁ ਚਾਖਹਿ ਜੋ ਗੁਰਮੁਖਿ ਸੇਵਕੁ ਲਾਗਾ ॥੧॥ ਮਨ ਰੇ ਸਮਝੁ ਕਵਨ ਮਤਿ ਲਾਗਾ ॥ ਨਾਮੁ ਵਿਸਾਰਿ ਅਨ ਰਸ ਲੋਭਾਨੇ ਫਿਰਿ ਪਛੁਤਾਹਿ ਅਭਾਗਾ ॥ ਰਹਾਉ ॥ ਆਵਤ ਕਉ ਹਰਖ ਜਾਤ ਕਉ ਰੋਵਹਿ ਇਹੁ ਦੁਖੁ ਸੁਖੁ ਨਾਲੇ ਲਾਗਾ ॥ ਆਪੇ ਦੁਖ ਸੁਖ ਭੋਗਿ ਭੋਗਾਵੈ ਗੁਰਮੁਖਿ ਸੋ ਅਨਰਾਗਾ ॥੨॥ ਹਰਿ ਰਸ ਊਪਰਿ ਅਵਰੁ ਕਿਆ ਕਹੀਐ ਜਿਨਿ ਪੀਆ ਸੋ ਤ੍ਰਿਪਤਾਗਾ ॥ ਮਾਇਆ ਮੋਹਿਤ ਜਿਨਿ ਇਹੁ ਰਸੁ ਖੋਇਆ ਜਾ ਸਾਕਤ ਦੁਰਮਤਿ ਲਾਗਾ ॥੩॥ ਮਨ ਕਾ ਜੀਉ ਪਵਨਪਤਿ ਦੇਹੀ ਦੇਹੀ ਮਹਿ ਦੇਉ ਸਮਾਗਾ ॥ ਜੇ ਤੂ ਦੇਹਿ ਤ ਹਰਿ ਰਸੁ ਗਾਈ ਮਨੁ ਤ੍ਰਿਪਤੈ ਹਰਿ ਲਿਵ ਲਾਗਾ ॥੪॥ ਸਾਧਸੰਗਤਿ ਮਹਿ ਹਰਿ ਰਸੁ ਪਾਈਐ ਗੁਰਿ ਮਿਲਿਐ ਜਮ ਭਉ ਭਾਗਾ ॥ ਨਾਨਕ ਰਾਮ ਨਾਮੁ ਜਪਿ ਗੁਰਮੁਖਿ ਹਰਿ ਪਾਏ ਮਸਤਕਿ ਭਾਗਾ ॥੫॥੧੦॥ ਸੋਰਠਿ ਮਹਲਾ ੧ ॥ ਸਰਬ ਜੀਆ ਸਿਰਿ ਲੇਖੁ ਧੁਰਾਹੂ ਬਿਨੁ ਲੇਖੈ ਨਹੀ ਕੋਈ ਜੀਉ ॥ ਆਪਿ ਅਲੇਖੁ ਕੁਦਰਤਿ ਕਰਿ ਦੇਖੈ ਹੁਕਮਿ ਚਲਾਏ ਸੋਈ ਜੀਉ ॥੧॥ ਮਨ ਰੇ ਰਾਮ ਜਪਹੁ ਸੁਖੁ ਹੋਈ ॥ ਅਹਿਨਿਸਿ ਗੁਰ ਕੇ ਚਰਨ ਸਰੇਵਹੁ ਹਰਿ ਦਾਤਾ ਭੁਗਤਾ ਸੋਈ ॥ ਰਹਾਉ ॥ ਜੋ ਅੰਤਰਿ ਸੋ ਬਾਹਰਿ ਦੇਖਹੁ ਅਵਰੁ ਨ ਦੂਜਾ ਕੋਈ ਜੀਉ ॥ ਗੁਰਮੁਖਿ ਏਕ ਦ੍ਰਿਸਟਿ ਕਰਿ ਦੇਖਹੁ ਘਟਿ ਘਟਿ ਜੋਤਿ ਸਮੋਈ ਜੀਉ ॥੨॥ ਚਲਤੌ ਠਾਕਿ ਰਖਹੁ ਘਰਿ ਅਪਨੈ ਗੁਰ ਮਿਲਿਐ ਇਹ ਮਤਿ ਹੋਈ ਜੀਉ ॥ ਦੇਖਿ ਅਦ੍ਰਿਸਟੁ ਰਹਉ ਬਿਸਮਾਦੀ ਦੁਖੁ ਬਿਸਰੈ ਸੁਖੁ ਹੋਈ ਜੀਉ ॥੩॥ ਪੀਵਹੁ ਅਪਿਉ ਪਰਮ ਸੁਖੁ ਪਾਈਐ ਨਿਜ ਘਰਿ ਵਾਸਾ ਹੋਈ ਜੀਉ ॥ ਜਨਮ ਮਰਣ ਭਵ ਭੰਜਨੁ ਗਾਈਐ ਪੁਨਰਪਿ ਜਨਮੁ ਨ ਹੋਈ ਜੀਉ ॥੪॥ ਤਤੁ ਨਿਰੰਜਨੁ ਜੋਤਿ ਸਬਾਈ ਸੋਹੰ ਭੇਦੁ ਨ ਕੋਈ ਜੀਉ ॥ ਅਪਰੰਪਰ ਪਾਰਬ੍ਰਹਮੁ ਪਰਮੇਸਰੁ ਨਾਨਕ ਗੁਰੁ ਮਿਲਿਆ ਸੋਈ ਜੀਉ ॥੫॥੧੧॥

ਸੋਰਠਿ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥

ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥੧॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥ ਰਹਾਉ ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧ੍ਯਾਰਾ ॥੨॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰਿ ਆਇਆ ॥੩॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥੪॥੧॥੧੨॥

ਅੰਗ 599 ਤੋਂ ਸੋਰਠਿ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 604 ਤੱਕ ਹੈ।

ਅੰਗ 604 ਤੋਂ ਸੋਰਠਿ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 608 ਤੱਕ ਹੈ।

ਅੰਗ 608 ਤੋਂ ਸੋਰਠਿ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 631 ਤੱਕ ਹੈ।

ਅੰਗ 631 ਤੋਂ ਸੋਰਠਿ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 634 ਤੱਕ ਹੈ।

ਸੋਰਠਿ ਮਹਲਾ ੧... ਅਸਟਪਦੀਆ

ਅੰਗ 634 ਤੋਂ ਸੋਰਠਿ ਮਹਲਾ ੧ ...ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 637 ਤੱਕ ਹੈ।

ਸੋਰਠਿ ਮਹਲਾ ੧ ਘਰੁ ੧ ਅਸਟਪਦੀਆ ਚਉਤੁਕੀ ੴ ਸਤਿਗੁਰ ਪ੍ਰਸਾਦਿ ॥

ਦੁਬਿਧਾ ਨ ਪੜਉ ਹਰਿ ਬਿਨੁ ਹੋਰੁ ਨ ਪੂਜਉ ਮੜੈ ਮਸਾਣਿ ਨ ਜਾਈ ॥ ਤ੍ਰਿਸਨਾ ਰਾਚਿ ਨ ਪਰ ਘਰਿ ਜਾਵਾ ਤ੍ਰਿਸਨਾ ਨਾਮਿ ਬੁਝਾਈ ॥ ਘਰ ਭੀਤਰਿ ਘਰੁ ਗੁਰੂ ਦਿਖਾਇਆ ਸਹਜਿ ਰਤੇ ਮਨ ਭਾਈ ॥ ਤੂ ਆਪੇ ਦਾਨਾ ਆਪੇ ਬੀਨਾ ਤੂ ਦੇਵਹਿ ਮਤਿ ਸਾਈ ॥੧॥ ਮਨੁ ਬੈਰਾਗਿ ਰਤਉ ਬੈਰਾਗੀ ਸਬਦਿ ਮਨੁ ਬੇਧਿਆ ਮੇਰੀ ਮਾਈ ॥ ਅੰਤਰਿ ਜੋਤਿ ਨਿਰੰਤਰਿ ਬਾਣੀ ਸਾਚੇ ਸਾਹਿਬ ਸਿਉ ਲਿਵ ਲਾਈ ॥ ਰਹਾਉ ॥ ਅਸੰਖ ਬੈਰਾਗੀ ਕਹਹਿ ਬੈਰਾਗ ਸੋ ਬੈਰਾਗੀ ਜਿ ਖਸਮੈ ਭਾਵੈ ॥ ਹਿਰਦੈ ਸਬਦਿ ਸਦਾ ਭੈ ਰਚਿਆ ਗੁਰ ਕੀ ਕਾਰ ਕਮਾਵੈ ॥ ਏਕੋ ਚੇਤੈ ਮਨੂਆ ਨ ਡੋਲੈ ਧਾਵਤੁ ਵਰਜਿ ਰਹਾਵੈ ॥ ਸਹਜੇ ਮਾਤਾ ਸਦਾ ਰੰਗਿ ਰਾਤਾ ਸਾਚੇ ਕੇ ਗੁਣ ਗਾਵੈ ॥੨॥ ਮਨੂਆ ਪਉਣੁ ਬਿੰਦੁ ਸੁਖਵਾਸੀ ਨਾਮਿ ਵਸੈ ਸੁਖ ਭਾਈ ॥ ਜਿਹਬਾ ਨੇਤ੍ਰ ਸੋਤ੍ਰ ਸਚਿ ਰਾਤੇ ਜਲਿ ਬੂਝੀ ਤੁਝਹਿ ਬੁਝਾਈ ॥ ਆਸ ਨਿਰਾਸ ਰਹੈ ਬੈਰਾਗੀ ਨਿਜ ਘਰਿ ਤਾੜੀ ਲਾਈ ॥ ਭਿਖਿਆ ਨਾਮਿ ਰਜੇ ਸੰਤੋਖੀ ਅੰਮ੍ਰਿਤੁ ਸਹਜਿ ਪੀਆਈ ॥੩॥ ਦੁਬਿਧਾ ਵਿਚਿ ਬੈਰਾਗੁ ਨ ਹੋਵੀ ਜਬ ਲਗੁ ਦੂਜੀ ਰਾਈ ॥ ਸਭੁ ਜਗੁ ਤੇਰਾ ਤੂ ਏਕੋ ਦਾਤਾ ਅਵਰੁ ਨ ਦੂਜਾ ਭਾਈ ॥ ਮਨਮੁਖਿ ਜੰਤ ਦੁਖਿ ਸਦਾ ਨਿਵਾਸੀ ਗੁਰਮੁਖਿ ਦੇ ਵਡਿਆਈ ॥ ਅਪਰ ਅਪਾਰ ਅਗੰਮ ਅਗੋਚਰ ਕਹਣੈ ਕੀਮ ਨ ਪਾਈ ॥੪॥ ਸੁੰਨ ਸਮਾਧਿ ਮਹਾ ਪਰਮਾਰਥੁ ਤੀਨਿ ਭਵਣ ਪਤਿ ਨਾਮੰ ॥ ਮਸਤਕਿ ਲੇਖੁ ਜੀਆ ਜਗਿ ਜੋਨੀ ਸਿਰਿ ਸਿਰਿ ਲੇਖੁ ਸਹਾਮੰ ॥ ਕਰਮ ਸੁਕਰਮ ਕਰਾਏ ਆਪੇ ਆਪੇ ਭਗਤਿ ਦ੍ਰਿੜਾਮੰ ॥ ਮਨਿ

ਮੁਖਿ ਜੂਠਿ ਲਹੈ ਭੈ ਮਾਨੰ ਆਪੇ ਗਿਆਨੁ ਅਗਾਮੰ ॥੫॥ ਜਿਨ ਚਾਖਿਆ ਸੇਈ ਸਾਦੁ ਜਾਣਨਿ ਜਿਉ ਗੁੰਗੇ ਮਿਠਿਆਈ ॥ ਅਕਥੈ ਕਾ ਕਿਆ ਕਥੀਐ ਭਾਈ ਚਾਲਉ ਸਦਾ ਰਜਾਈ ॥ ਗੁਰੁ ਦਾਤਾ ਮੇਲੇ ਤਾ ਮਤਿ ਹੋਵੈ ਨਿਗੁਰੇ ਮਤਿ ਨ ਕਾਈ ॥ ਜਿਉ ਚਲਾਏ ਤਿਉ ਚਾਲਹ ਭਾਈ ਹੋਰ ਕਿਆ ਕੋ ਕਰੇ ਚਤੁਰਾਈ ॥੬॥ ਇਕਿ ਭਰਮਿ ਭੁਲਾਏ ਇਕਿ ਭਗਤੀ ਰਾਤੇ ਤੇਰਾ ਖੇਲੁ ਅਪਾਰਾ ॥ ਜਿਤੁ ਤੁਧੁ ਲਾਏ ਤੇਹਾ ਫਲੁ ਪਾਇਆ ਤੂ ਹੁਕਮਿ ਚਲਾਵਣਹਾਰਾ ॥ ਸੇਵਾ ਕਰੀ ਜੇ ਕਿਛੁ ਹੋਵੈ ਅਪਣਾ ਜੀਉ ਪਿੰਡੁ ਤੁਮਾਰਾ ॥ ਸਤਿਗੁਰਿ ਮਿਲਿਐ ਕਿਰਪਾ ਕੀਨੀ ਅੰਮ੍ਰਿਤ ਨਾਮੁ ਅਧਾਰਾ ॥੭॥ ਗਗਨੰਤਰਿ ਵਾਸਿਆ ਗੁਣ ਪਰਗਾਸਿਆ ਗੁਣ ਮਹਿ ਗਿਆਨ ਧਿਆਨੰ ॥ ਨਾਮੁ ਮਨਿ ਭਾਵੈ ਕਹੈ ਕਹਾਵੈ ਤਤੋ ਤਤੁ ਵਖਾਨੰ ॥ ਸਬਦੁ ਗੁਰ ਪੀਰਾ ਗਹਿਰ ਗੰਭੀਰਾ ਬਿਨੁ ਸਬਦੈ ਜਗੁ ਬਉਰਾਨੰ ॥ ਪੂਰਾ ਬੈਰਾਗੀ ਸਹਜਿ ਸੁਭਾਗੀ ਸਚੁ ਨਾਨਕ ਮਨੁ ਮਾਨੰ ॥੮॥੧॥ ਸੋਰਠਿ ਮਹਲਾ ੧ ਤਿਤੁਕੀ ॥ ਆਸਾ ਮਨਸਾ ਬੰਧਨੀ ਭਾਈ ਕਰਮ ਧਰਮ ਬੰਧਕਾਰੀ ॥ ਪਾਪਿ ਪੁੰਨਿ ਜਗੁ ਜਾਇਆ ਭਾਈ ਬਿਨਸੈ ਨਾਮੁ ਵਿਸਾਰੀ ॥ ਇਹ ਮਾਇਆ ਜਗਿ ਮੋਹਣੀ ਭਾਈ ਕਰਮ ਸਭੇ ਵੇਕਾਰੀ ॥੧॥ ਸੁਣਿ ਪੰਡਿਤ ਕਰਮਾ ਕਾਰੀ ॥ ਜਿਤੁ ਕਰਮੁ ਸੁਖੁ ਊਪਜੈ ਭਾਈ ਸੁ ਆਤਮ ਤਤੁ ਬੀਚਾਰੀ ॥ ਰਹਾਉ ॥ ਸਾਸਤੁ ਬੇਦੁ ਬਕੈ ਖੜੋ ਭਾਈ ਕਰਮ ਕਰਹੁ ਸੰਸਾਰੀ ॥ ਪਾਖੰਡਿ ਮੈਲੁ ਨ ਚੂਕਈ ਭਾਈ ਅੰਤਰਿ ਮੈਲੁ ਵਿਕਾਰੀ ॥ ਇਨ ਬਿਧਿ ਡੂਬੀ ਮਾਕੁਰੀ ਭਾਈ ਊਂਡੀ ਸਿਰ ਕੈ ਭਾਰੀ ॥੨॥ ਦੁਰਮਤਿ ਘਣੀ ਵਿਗੂਤੀ ਭਾਈ ਦੂਜੈ ਭਾਇ ਖੁਆਈ ॥ ਬਿਨੁ ਸਤਿਗੁਰ ਨਾਮੁ ਨ ਪਾਈਐ ਭਾਈ ਬਿਨੁ ਨਾਮੈ ਭਰਮੁ ਨ ਜਾਈ ॥ ਸਤਿਗੁਰੁ ਸੇਵੇ ਤਾ ਸੁਖੁ ਪਾਏ ਭਾਈ ਆਵਣੁ ਜਾਣੁ ਰਹਾਈ ॥੩॥ ਸਾਚੁ ਸਹਜੁ ਗੁਰ ਤੇ ਊਪਜੈ ਭਾਈ ਮਨੁ ਨਿਰਮਲੁ ਸਾਚਿ ਸਮਾਈ ॥ ਗੁਰੁ ਸੇਵੇ ਸੋ ਬੂਝੈ ਭਾਈ ਗੁਰ ਬਿਨੁ ਮਗੁ ਨ ਪਾਈ ॥ ਜਿਸੁ ਅੰਤਰਿ ਲੋਭੁ ਕਿ ਕਰਮ ਕਮਾਵੈ ਭਾਈ ਕੂੜੁ ਬੋਲਿ ਬਿਖੁ ਖਾਈ ॥੪॥ ਪੰਡਿਤ ਦਹੀ ਵਿਲੋਈਐ ਭਾਈ ਵਿਚਹੁ ਨਿਕਲੈ ਤਥੁ ॥ ਜਲੁ ਮਥੀਐ ਜਲੁ ਦੇਖੀਐ ਭਾਈ ਇਹੁ ਜਗੁ ਏਹਾ ਵਥੁ ॥ ਗੁਰ ਬਿਨੁ ਭਰਮਿ ਵਿਗੂਚੀਐ ਭਾਈ ਘਟਿ ਘਟਿ ਦੇਉ ਅਲਖੁ ॥੫॥ ਇਹੁ ਜਗੁ ਤਾਗੋ ਸੂਤ ਕੋ ਭਾਈ ਦਹ ਦਿਸ ਬਾਧੋ ਮਾਇ ॥ ਬਿਨੁ ਗੁਰ ਗਾਠਿ ਨ ਛੂਟਈ ਭਾਈ ਥਾਕੇ ਕਰਮ ਕਮਾਇ ॥ ਇਹੁ ਜਗੁ ਭਰਮਿ ਭੁਲਾਇਆ ਭਾਈ ਕਹਣਾ ਕਿਛੂ ਨ ਜਾਇ ॥੬॥ ਗੁਰ ਮਿਲਿਐ ਭਉ ਮਨਿ ਵਸੈ ਭਾਈ

ਭੈ ਮਰਣਾ ਸਚੁ ਲੇਖੁ ॥ ਮਜਨੁ ਦਾਨੁ ਚੰਗਿਆਈਆ ਭਾਈ ਦਰਗਹ ਨਾਮੁ ਵਿਸੇਖੁ ॥ ਗੁਰੁ ਅੰਕਸੁ ਜਿਨਿ ਨਾਮੁ ਦ੍ਰਿੜਾਇਆ ਭਾਈ ਮਨਿ ਵਸਿਆ ਚੂਕਾ ਭੇਖੁ ॥੭॥ ਇਹੁ ਤਨੁ ਹਾਟੁ ਸਰਾਫ ਕੋ ਭਾਈ ਵਖਰੁ ਨਾਮੁ ਅਪਾਰੁ ॥ ਇਹੁ ਵਖਰੁ ਵਾਪਾਰੀ ਸੋ ਦ੍ਰਿੜੈ ਭਾਈ ਗੁਰ ਸਬਦਿ ਕਰੇ ਵੀਚਾਰੁ ॥ ਧਨੁ ਵਾਪਾਰੀ ਨਾਨਕਾ ਭਾਈ ਮੇਲਿ ਕਰੇ ਵਾਪਾਰੁ ॥੮॥੨॥ ਸੋਰਠਿ ਮਹਲਾ ੧ ॥ ਜਿਨ੍ਹੀ ਸਤਿਗੁਰੁ ਸੇਵਿਆ ਪਿਆਰੇ ਤਿਨ੍ ਕੇ ਸਾਥ ਤਰੇ ॥ ਤਿਨ੍ਾ ਠਾਕ ਨ ਪਾਈਐ ਪਿਆਰੇ ਅੰਮ੍ਰਿਤ ਰਸਨ ਹਰੇ ॥ ਬੂਡੇ ਭਾਰੇ ਭੈ ਬਿਨਾ ਪਿਆਰੇ ਤਾਰੇ ਨਦਰਿ ਕਰੇ ॥੧॥ ਭੀ ਤੂਹੈ ਸਾਲਾਹਣਾ ਪਿਆਰੇ ਭੀ ਤੇਰੀ ਸਾਲਾਹ ॥ ਵਿਣੁ ਬੋਹਿਥ ਭੈ ਡੁਬੀਐ ਪਿਆਰੇ ਕੰਧੀ ਪਾਇ ਕਹਾਹ ॥੧॥ ਰਹਾਉ ॥ ਸਾਲਾਹੀ ਸਾਲਾਹਣਾ ਪਿਆਰੇ ਦੂਜਾ ਅਵਰੁ ਨ ਕੋਇ ॥ ਮੇਰੇ ਪ੍ਰਭ ਸਾਲਾਹਨਿ ਸੇ ਭਲੇ ਪਿਆਰੇ ਸਬਦਿ ਰਤੇ ਰੰਗੁ ਹੋਇ ॥ ਤਿਸ ਕੀ ਸੰਗਤਿ ਜੇ ਮਿਲੈ ਪਿਆਰੇ ਰਸੁ ਲੈ ਤਤੁ ਵਿਲੋਇ ॥੨॥ ਪਤਿ ਪਰਵਾਨਾ ਸਾਚ ਕਾ ਪਿਆਰੇ ਨਾਮੁ ਸਚਾ ਨੀਸਾਣੁ ॥ ਆਇਆ ਲਿਖਿ ਲੈ ਜਾਵਣਾ ਪਿਆਰੇ ਹੁਕਮੀ ਹੁਕਮੁ ਪਛਾਣੁ ॥ ਗੁਰ ਬਿਨੁ ਹੁਕਮੁ ਨ ਬੂਝੀਐ ਪਿਆਰੇ ਸਾਚੇ ਸਾਚਾ ਤਾਣੁ ॥੩॥ ਹੁਕਮੈ ਅੰਦਰਿ ਨਿੰਮਿਆ ਪਿਆਰੇ ਹੁਕਮੈ ਉਦਰ ਮਝਾਰਿ ॥ ਹੁਕਮੈ ਅੰਦਰਿ ਜੰਮਿਆ ਪਿਆਰੇ ਊਧਉ ਸਿਰ ਕੈ ਭਾਰਿ ॥ ਗੁਰਮੁਖਿ ਦਰਗਹ ਜਾਣੀਐ ਪਿਆਰੇ ਚਲੈ ਕਾਰਜ ਸਾਰਿ ॥੪॥ ਹੁਕਮੈ ਅੰਦਰਿ ਆਇਆ ਪਿਆਰੇ ਹੁਕਮੇ ਜਾਦੋ ਜਾਇ ॥ ਹੁਕਮੇ ਬੰਨ੍ਹਿ ਚਲਾਈਐ ਪਿਆਰੇ ਮਨਮੁਖਿ ਲਹੈ ਸਜਾਇ ॥ ਹੁਕਮੇ ਸਬਦਿ ਪਛਾਣੀਐ ਪਿਆਰੇ ਦਰਗਹ ਪੈਧਾ ਜਾਇ ॥੫॥ ਹੁਕਮੇ ਗਣਤ ਗਣਾਈਐ ਪਿਆਰੇ ਹੁਕਮੇ ਹਉਮੈ ਦੋਇ ॥ ਹੁਕਮੇ ਭਵੈ ਭਵਾਈਐ ਪਿਆਰੇ ਅਵਗਣਿ ਮੁਠੀ ਰੋਇ ॥ ਹੁਕਮੁ ਸਿਞਾਪੈ ਸਾਹ ਕਾ ਪਿਆਰੇ ਸਚੁ ਮਿਲੈ ਵਡਿਆਈ ਹੋਇ ॥੬॥ ਆਖਣਿ ਅਉਖਾ ਆਖੀਐ ਪਿਆਰੇ ਕਿਉ ਸੁਣੀਐ ਸਚੁ ਨਾਉ ॥ ਜਿਨ੍ਹੀ ਸੋ ਸਾਲਾਹਿਆ ਪਿਆਰੇ ਹਉ ਤਿਨ੍ ਬਲਿਹਾਰੈ ਜਾਉ ॥ ਨਾਉ ਮਿਲੈ ਸੰਤੋਖੀਆਂ ਪਿਆਰੇ ਨਦਰੀ ਮੇਲਿ ਮਿਲਾਉ ॥੭॥ ਕਾਇਆ ਕਾਗਦੁ ਜੇ ਥੀਐ ਪਿਆਰੇ ਮਨੁ ਮਸਵਾਣੀ ਧਾਰਿ ॥ ਲਲਤਾ ਲੇਖਣਿ ਸਚ ਕੀ ਪਿਆਰੇ ਹਰਿ ਗੁਣ ਲਿਖਹੁ ਵੀਚਾਰਿ ॥ ਧਨੁ ਲੇਖਾਰੀ ਨਾਨਕਾ ਪਿਆਰੇ ਸਾਚੁ ਲਿਖੈ ਉਰਿ ਧਾਰਿ ॥੮॥੩॥ ਸੋਰਠਿ ਮਹਲਾ ੧ ਪਹਿਲਾ ਦੁਤੁਕੀ ॥ ਤੂ ਗੁਣਦਾਤੌ ਨਿਰਮਲੋ ਭਾਈ ਨਿਰਮਲੁ ਨਾ ਮਨੁ ਹੋਇ ॥ ਹਮ ਅਪਰਾਧੀ ਨਿਰਗੁਣੇ ਭਾਈ ਤੁਝ

ਹੀ ਤੇ ਗੁਣੁ ਸੋਇ ॥੧॥ ਮੇਰੇ ਪ੍ਰੀਤਮਾ ਤੂ ਕਰਤਾ ਕਰਿ ਵੇਖੁ ॥ ਹਉ ਪਾਪੀ ਪਾਖੰਡੀਆ ਭਾਈ ਮਨਿ ਤਨਿ ਨਾਮ ਵਿਸੇਖੁ ॥ ਰਹਾਉ ॥ ਬਿਖੁ ਮਾਇਆ ਚਿਤੁ ਮੋਹਿਆ ਭਾਈ ਚਤੁਰਾਈ ਪਤਿ ਖੋਇ ॥ ਚਿਤ ਮਹਿ ਠਾਕੁਰੁ ਸਚਿ ਵਸੈ ਭਾਈ ਜੇ ਗੁਰ ਗਿਆਨੁ ਸਮੋਇ ॥੨॥ ਰੂੜੌ ਰੂੜੌ ਆਖੀਐ ਭਾਈ ਰੂੜੌ ਲਾਲ ਚਲੂਲੁ ॥ ਜੇ ਮਨੁ ਹਰਿ ਸਿਉ ਬੈਰਾਗੀਐ ਭਾਈ ਦਰਿ ਘਰਿ ਸਾਚੁ ਅਭੂਲੁ ॥੩॥ ਪਾਤਾਲੀ ਆਕਾਸਿ ਤੂ ਭਾਈ ਘਰਿ ਘਰਿ ਤੂ ਗੁਣ ਗਿਆਨੁ ॥ ਗੁਰ ਮਿਲਿਐ ਸੁਖੁ ਪਾਇਆ ਭਾਈ ਚੂਕਾ ਮਨਹੁ ਗੁਮਾਨੁ ॥੪॥ ਜਲਿ ਮਲਿ ਕਾਇਆ ਮਾਜੀਐ ਭਾਈ ਭੀ ਮੈਲਾ ਤਨੁ ਹੋਇ ॥ ਗਿਆਨਿ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲੁ ਹੋਇ ॥੫॥ ਦੇਵੀ ਦੇਵਾ ਪੂਜੀਐ ਭਾਈ ਕਿਆ ਮਾਗਉ ਕਿਆ ਦੇਹਿ ॥ ਪਾਹਣੁ ਨੀਰਿ ਪਖਾਲੀਐ ਭਾਈ ਜਲ ਮਹਿ ਬੂਡਹਿ ਤੇਹਿ ॥੬॥ ਗੁਰ ਬਿਨੁ ਅਲਖੁ ਨ ਲਖੀਐ ਭਾਈ ਜਗੁ ਬੂਡੈ ਪਤਿ ਖੋਇ ॥ ਮੇਰੇ ਠਾਕੁਰ ਹਾਥਿ ਵਡਾਈਆ ਭਾਈ ਜੈ ਭਾਵੈ ਤੈ ਦੇਇ ॥੭॥ ਬਈਅਰਿ ਬੋਲੈ ਮੀਠੁਲੀ ਭਾਈ ਸਾਚੁ ਕਹੈ ਪਿਰ ਭਾਇ ॥ ਬਿਰਹੈ ਬੇਧੀ ਸਚਿ ਵਸੀ ਭਾਈ ਅਧਿਕ ਰਹੀ ਹਰਿ ਨਾਇ ॥੮॥ ਸਭੁ ਕੋ ਆਖੈ ਆਪਣਾ ਭਾਈ ਗੁਰ ਤੇ ਬੁਝੈ ਸੁਜਾਨੁ ॥ ਜੋ ਬੀਧੇ ਸੇ ਊਬਰੇ ਭਾਈ ਸਬਦੁ ਸਚਾ ਨੀਸਾਨੁ ॥੯॥ ਈਧਨੁ ਅਧਿਕ ਸਕੇਲੀਐ ਭਾਈ ਪਾਵਕੁ ਰੰਚਕ ਪਾਇ ॥ ਖਿਨੁ ਪਲੁ ਨਾਮੁ ਰਿਦੈ ਵਸੈ ਭਾਈ ਨਾਨਕ ਮਿਲਣੁ ਸੁਭਾਇ ॥੧੦॥੪॥

ਅੰਗ 637 ਤੋਂ ਸੋਰਠਿ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 639 ਤੱਕ ਹੈ।

ਅੰਗ 639 ਤੋਂ ਸੋਰਠਿ ਮਹਲਾ ੫ ....ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 642 ਤੱਕ ਹੈ।

ਰਾਗੁ ਸੋਰਠਿ ਵਾਰ

ਅੰਗ 642 ਤੋਂ ਰਾਗੁ ਸੋਰਠਿ ਵਾਰ ਮਹਲੇ ੪ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 654 ਤੱਕ ਹੈ। ਇਸ ਵਾਰ ਵਿਚ ਪਹਿਲੇ ਪਾਤਸ਼ਾਹ, ਦੂਜੇ ਪਾਤਸ਼ਾਹ, ਤੀਜੇ ਪਾਤਸ਼ਾਹ ਅਤੇ ਚੌਥੇ ਪਾਤਸ਼ਾਹ ਦੀ ਬਾਣੀ ਹੈ।

ਸਲੋਕੁ ਮਃ ੧ ॥ ਸੋਰਠਿ ਸਦਾ ਸੁਹਾਵਣੀ ਜੇ ਸਚਾ ਮਨਿ ਹੋਇ ॥ ਦੰਦੀ ਮੈਲੁ ਨ ਕਤੁ ਮਨਿ ਜੀਭੈ ਸਚਾ ਸੋਇ ॥ ਸਸੁਰੈ ਪੇਈਐ ਭੈ ਵਸੀ ਸਤਿਗੁਰੁ ਸੇਵਿ ਨਿਸੰਗ ॥ ਪਰਹਰਿ ਕਪੜੁ ਜੇ ਪਿਰ ਮਿਲੈ ਖੁਸੀ ਰਾਵੈ ਪਿਰੁ ਸੰਗਿ ॥ ਸਦਾ ਸੀਗਾਰੀ ਨਾਉ ਮਨਿ ਕਦੇ ਨ ਮੈਲੁ ਪਤੰਗੁ ॥ ਦੇਵਰ ਜੇਠ ਮੁਏ ਦੁਖਿ ਸਸੂ ਕਾ ਡਰੁ ਕਿਸੁ ॥ ਜੇ ਪਿਰ ਭਾਵੈ ਨਾਨਕਾ ਕਰਮ ਮਣੀ ਸਭੁ ਸਚੁ ॥੧॥

ਮਃ ੪ ॥...

ਸਲੋਕੁ ਮਃ ੩ --

ਮਃ ੧ ॥ ਇਕ ਦਝਹਿ ਇਕ ਦਬੀਅਹਿ ਇਕਨਾ ਕੁਤੇ ਖਾਹਿ ॥ ਇਕਿ ਪਾਣੀ ਵਿਚਿ ਉਸਟੀਅਹਿ ਇਕਿ ਭੀ ਫਿਰਿ ਹਸਣਿ ਪਾਹਿ ॥ ਨਾਨਕ ਏਵ ਨ ਜਾਪਈ ਕਿਥੈ ਜਾਇ ਸਮਾਹਿ ॥੨॥ ਪਉੜੀ ॥ ਤਿਨ ਕਾ ਖਾਧਾ ਪੈਧਾ ਮਾਇਆ ਸਭੁ ਪਵਿਤੁ ਹੈ ਜੋ ਨਾਮਿ ਹਰਿ ਰਾਤੇ ॥ ਤਿਨ ਕੇ ਘਰ ਮੰਦਰ ਮਹਲ ਸਰਾਈ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸੇਵਕ ਸਿਖ ਅਭਿਆਗਤ ਜਾਇ ਵਰਸਾਤੇ ॥ ਤਿਨ ਕੇ ਤੁਰੇ ਜੀਨ ਖੁਰਗੀਰ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸਿਖ ਸਾਧ ਸੰਤ ਚੜਿ ਜਾਤੇ ॥ ਤਿਨ ਕੇ ਕਰਮ ਧਰਮ ਕਾਰਜ ਸਭਿ ਪਵਿਤੁ ਹਹਿ ਜੋ ਬੋਲਹਿ ਹਰਿ ਹਰਿ ਰਾਮ ਨਾਮੁ ਹਰਿ ਸਾਤੇ ॥ ਜਿਨ ਕੈ ਪੋਤੈ ਪੁੰਨੁ ਹੈ ਸੇ ਗੁਰਮੁਖਿ ਸਿਖ ਗੁਰੂ ਪਹਿ ਜਾਤੇ ॥੧੬॥

ਸਲੋਕੁ ਮਃ ੩ ॥ ---

ਸਲੋਕੁ ਮਃ ੪ ॥ ....

ਸਲੋਕ ਮਃ ੧ ॥ ਤਾ ਕੀ ਰਜਾਇ ਲੇਖਿਆ ਪਾਇ ਅਬ ਕਿਆ ਕੀਜੈ ਪਾਂਡੇ ॥ ਹੁਕਮੁ ਹੋਆ ਹਾਸਲੁ ਤਦੇ ਹੋਇ ਨਿਬੜਿਆ ਹੰਢਹਿ ਜੀਅ ਕਮਾਂਦੇ ॥੧॥

ਮਃ ੨ ॥ --

ਸਲੋਕੁ ਮਃ ੩ ॥ ....

ਅੰਗ 654 ਤੋਂ ਰਾਗੁ ਸੋਰਠਿ ਬਾਣੀ ਭਗਤ ਕਬੀਰ ਜੀ ਕੀ ਬਾਣੀ ਸੁਰੂ ਹੋ ਜਾਂਦੀ ਹੈ, ਜੋ ਅੰਗ 656 ਤੱਕ ਹੈ।

ਅੰਗ 656 ਤੋਂ ਰਾਗੁ ਸੋਰਠਿ ਬਾਣੀ ਭਗਤ ਨਾਮਦੇ ਜੀ ਕੀ ਸੁਰੂ ਹੋ ਜਾਂਦੀ ਹੈ ਜੋ, ਅੰਗ 657 ਤੱਕ ਹੈ।

ਅੰਗ 657 ਤੋਂ ਰਾਗੁ ਸੋਰਠਿ ਬਾਣੀ ਭਗਤ ਰਵਿਦਾਸ ਜੀ ਕੀ ਸੁਰੂ ਹੋ ਜਾਂਦੀ ਹੈ, ਜੋ ਅੰਗ 659 ਤੱਕ ਹੈ।

ਅੰਗ 659 ਤੋਂ ਰਾਗੁ ਸੋਰਠਿ ਬਾਣੀ ਭਗਤ ਭੀਖਨ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 660 ਤੱਕ ਹੈ।

ਧਨਾਸਰੀ ਮਹਲਾ ੧

ਅੰਗ 660 ਤੋਂ ਧਨਾਸਰੀ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 663 ਤੱਕ ਹੈ

ਧਨਾਸਰੀ ਮਹਲਾ ੧ ਘਰੁ ੧ ਚਉਪਦੇ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਜੀਉ ਡਰਤੁ ਹੈ ਆਪਣਾ ਕੈ ਸਿਉ ਕਰੀ ਪੁਕਾਰ ॥ ਦੂਖ ਵਿਸਾਰਣੁ ਸੇਵਿਆ ਸਦਾ ਸਦਾ ਦਾਤਾਰੁ ॥੧॥ ਸਾਹਿਬੁ ਮੇਰਾ ਨੀਤ ਨਵਾ ਸਦਾ ਸਦਾ ਦਾਤਾਰੁ ॥੧॥ ਰਹਾਉ ॥ ਅਨਦਿਨੁ ਸਾਹਿਬੁ ਸੇਵੀਐ ਅੰਤਿ ਛਡਾਏ ਸੋਇ ॥ ਸੁਣਿ ਸੁਣਿ ਮੇਰੀ ਕਾਮਣੀ ਪਾਰਿ ਉਤਾਰਾ ਹੋਇ ॥੨॥ ਦਇਆਲ ਤੇਰੈ ਨਾਮਿ ਤਰਾ ॥ ਸਦ ਕੁਰਬਾਣੈ ਜਾਉ ॥੧॥ ਰਹਾਉ ॥ ਸਰਬੰ ਸਾਚਾ ਏਕੁ ਹੈ ਦੂਜਾ ਨਾਹੀ ਕੋਇ ॥ ਤਾ ਕੀ ਸੇਵਾ ਸੋ ਕਰੇ ਜਾ ਕਉ ਨਦਰਿ ਕਰੇ ॥੩॥ ਤੁਧੁ ਬਾਝੁ ਪਿਆਰੇ ਕੇਵ ਰਹਾ ॥ ਸਾ ਵਡਿਆਈ ਦੇਹਿ ਜਿਤੁ ਨਾਮਿ ਤੇਰੇ ਲਾਗਿ ਰਹਾਂ

॥ ਦੂਜਾ ਨਾਹੀ ਕੋਇ ਜਿਸੁ ਆਗੈ ਪਿਆਰੇ ਜਾਇ ਕਹਾ ॥੧॥ ਰਹਾਉ ॥ ਸੇਵੀ ਸਾਹਿਬੁ ਆਪਣਾ ਅਵਰੁ ਨ ਜਾਚੰਉ ਕੋਇ ॥ ਨਾਨਕੁ ਤਾ ਕਾ ਦਾਸੁ ਹੈ ਬਿੰਦ ਬਿੰਦ ਚੁਖ ਚੁਖ ਹੋਇ ॥੪॥ ਸਾਹਿਬ ਤੇਰੇ ਨਾਮ ਵਿਟਹੁ ਬਿੰਦ ਬਿੰਦ ਚੁਖ ਚੁਖ ਹੋਇ ॥੧॥ ਰਹਾਉ ॥੪॥੧॥ ਧਨਾਸਰੀ ਮਹਲਾ ੧ ॥ ਹਮ ਆਦਮੀ ਹਾਂ ਇਕ ਦਮੀ ਮੁਹਲਤਿ ਮੁਹਤੁ ਨ ਜਾਣਾ ॥ ਨਾਨਕੁ ਬਿਨਵੈ ਤਿਸੈ ਸਰੇਵਹੁ ਜਾ ਕੇ ਜੀਅ ਪਰਾਣਾ ॥੧॥ ਅੰਧੇ ਜੀਵਨਾ ਵੀਚਾਰਿ ਦੇਖਿ ਕੇਤੇ ਕੇ ਦਿਨਾ ॥੧॥ ਰਹਾਉ ॥ ਸਾਸੁ ਮਾਸੁ ਸਭੁ ਜੀਉ ਤੁਮਾਰਾ ਤੂ ਮੈ ਖਰਾ ਪਿਆਰਾ ॥ ਨਾਨਕੁ ਸਾਇਰੁ ਏਵ ਕਹਤੁ ਹੈ ਸਚੇ ਪਰਵਦਗਾਰਾ ॥੨॥ ਜੇ ਤੂ ਕਿਸੈ ਨ ਦੇਹੀ ਮੇਰੇ ਸਾਹਿਬਾ ਕਿਆ ਕੋ ਕਢੈ ਗਹਣਾ ॥ ਨਾਨਕੁ ਬਿਨਵੈ ਸੋ ਕਿਛੁ ਪਾਈਐ ਪੁਰਬਿ ਲਿਖੇ ਕਾ ਲਹਣਾ ॥੩॥ ਨਾਮੁ ਖਸਮ ਕਾ ਚਿਤਿ ਨ ਕੀਆ ਕਪਟੀ ਕਪਟੁ ਕਮਾਣਾ ॥ ਜਮ ਦੁਆਰਿ ਜਾ ਪਕੜਿ ਚਲਾਇਆ ਤਾ ਚਲਦਾ ਪਛੁਤਾਣਾ ॥੪॥ ਜਬ ਲਗੁ ਦੁਨੀਆ ਰਹੀਐ ਨਾਨਕ ਕਿਛੁ ਸੁਣੀਐ ਕਿਛੁ ਕਹੀਐ ॥ ਭਾਲਿ ਰਹੇ ਹਮ ਰਹਣੁ ਨ ਪਾਇਆ ਜੀਵਤਿਆ ਮਰਿ ਰਹੀਐ ॥੫॥੨॥

ਧਨਾਸਰੀ ਮਹਲਾ ੧ ਘਰੁ ਦੂਜਾ ੴ ਸਤਿਗੁਰ ਪ੍ਰਸਾਦਿ ॥

ਕਿਉ ਸਿਮਰੀ ਸਿਵਰਿਆ ਨਹੀ ਜਾਇ ॥ ਤਪੈ ਹਿਆਉ ਜੀਅੜਾ ਬਿਲਲਾਇ ॥ ਸਿਰਜਿ ਸਵਾਰੇ ਸਾਚਾ ਸੋਇ ॥ ਤਿਸੁ ਵਿਸਰਿਐ ਚੰਗਾ ਕਿਉ ਹੋਇ ॥੧॥ ਹਿਕਮਤਿ ਹੁਕਮਿ ਨ ਪਾਇਆ ਜਾਇ ॥ ਕਿਉ ਕਰਿ ਸਾਚਿ ਮਿਲਉ ਮੇਰੀ ਮਾਇ ॥੧॥ ਰਹਾਉ ॥ ਵਖਰੁ ਨਾਮੁ ਦੇਖਣ ਕੋਈ ਜਾਇ ॥ ਨਾ ਕੋ ਚਾਖੈ ਨਾ ਕੋ ਖਾਇ ॥ ਲੋਕਿ ਪਤੀਣੈ ਨ ਪਤਿ ਹੋਇ ॥ ਤਾ ਪਤਿ ਰਹੈ ਰਾਖੈ ਜਾ ਸੋਇ ॥੨॥ ਜਹ ਦੇਖਾ ਤਹ ਰਹਿਆ ਸਮਾਇ ॥ ਤੁਧੁ ਬਿਨੁ ਦੂਜਾ ਨਾਹੀ ਜਾਇ ॥ ਜੇ ਕੋ ਕਰੇ ਕੀਤੈ ਕਿਆ ਹੋਇ ॥ ਜਿਸ ਨੋ ਬਖਸੇ ਸਾਚਾ ਸੋਇ ॥੩॥ ਹੁਣਿ ਉਠਿ ਚਲਣਾ ਮੁਹਤਿ ਕਿ ਤਾਲਿ ॥ ਕਿਆ ਮੁਹੁ ਦੇਸਾ ਗੁਣ ਨਹੀ ਨਾਲਿ ॥ ਜੈਸੀ ਨਦਰਿ ਕਰੇ ਤੈਸਾ ਹੋਇ ॥ ਵਿਣੁ ਨਦਰੀ ਨਾਨਕ ਨਹੀ ਕੋਇ ॥੪॥੧॥੩॥ ਧਨਾਸਰੀ ਮਹਲਾ ੧ ॥ ਨਦਰਿ ਕਰੇ ਤਾ ਸਿਮਰਿਆ ਜਾਇ ॥ ਆਤਮਾ ਦ੍ਰਵੈ ਰਹੈ ਲਿਵ ਲਾਇ ॥

ਆਤਮਾ ਪਰਾਤਮਾ ਏਕੋ ਕਰੈ ॥ ਅੰਤਰ ਕੀ ਦੁਬਿਧਾ ਅੰਤਰਿ ਮਰੈ ॥੧॥ ਗੁਰ ਪਰਸਾਦੀ ਪਾਇਆ ਜਾਇ ॥ ਹਰਿ ਸਿਉ ਚਿਤੁ ਲਾਗੈ ਫਿਰਿ ਕਾਲੁ ਨ ਖਾਇ ॥੧॥ ਰਹਾਉ ॥ ਸਚਿ ਸਿਮਰਿਐ ਹੋਵੈ ਪਰਗਾਸੁ ॥ ਤਾ ਤੇ ਬਿਖਿਆ ਮਹਿ ਰਹੈ ਉਦਾਸੁ ॥ ਸਤਿਗੁਰ ਕੀ ਐਸੀ ਵਡਿਆਈ ॥ ਪੁਤ੍ਰ ਕਲਤ੍ਰ ਵਿਚੇ ਗਤਿ ਪਾਈ ॥੨॥ ਐਸੀ ਸੇਵਕੁ ਸੇਵਾ ਕਰੈ ॥ ਜਿਸ ਕਾ ਜੀਉ ਤਿਸੁ ਆਗੈ ਧਰੈ ॥ ਸਾਹਿਬ ਭਾਵੈ ਸੋ ਪਰਵਾਣੁ ॥ ਸੋ ਸੇਵਕੁ ਦਰਗਹ ਪਾਵੈ ਮਾਣੁ ॥੩॥ ਸਤਿਗੁਰ ਕੀ ਮੂਰਤਿ ਹਿਰਦੈ ਵਸਾਏ ॥ ਜੋ ਇਛੈ ਸੋਈ ਫਲੁ ਪਾਏ ॥ ਸਾਚਾ ਸਾਹਿਬੁ ਕਿਰਪਾ ਕਰੈ ॥ ਸੋ ਸੇਵਕੁ ਜਮ ਤੇ ਕੈਸਾ ਡਰੈ ॥੪॥ ਭਨਤਿ ਨਾਨਕੁ ਕਰੇ ਵੀਚਾਰੁ ॥ ਸਾਚੀ ਬਾਣੀ ਸਿਉ ਧਰੇ ਪਿਆਰੁ ॥ ਤਾ ਕੋ ਪਾਵੈ ਮੋਖ ਦੁਆਰੁ ॥ ਜਪੁ ਤਪੁ ਸਭੁ ਇਹੁ ਸਬਦੁ ਹੈ ਸਾਰੁ ॥੫॥੨॥੪॥ ਧਨਾਸਰੀ ਮਹਲਾ ੧ ॥ ਜੀਉ ਤਪਤੁ ਹੈ ਬਾਰੋ ਬਾਰ ॥ ਤਪਿ ਤਪਿ ਖਪੈ ਬਹੁਤੁ ਬੇਕਾਰ ॥ ਜੈ ਤਨਿ ਬਾਣੀ ਵਿਸਰਿ ਜਾਇ ॥ ਜਿਉ ਪਕਾ ਰੋਗੀ ਵਿਲਲਾਇ ॥੧॥ ਬਹੁਤਾ ਬੋਲਣੁ ਝਖਣੁ ਹੋਇ ॥ ਵਿਣੁ ਬੋਲੇ ਜਾਣੈ ਸਭੁ ਸੋਇ ॥੧॥ ਰਹਾਉ ॥ ਜਿਨਿ ਕਨ ਕੀਤੇ ਅਖੀ ਨਾਕੁ ॥ ਜਿਨਿ ਜਿਹਵਾ ਦਿਤੀ ਬੋਲੇ ਤਾਤੁ ॥ ਜਿਨਿ ਮਨੁ ਰਾਖਿਆ ਅਗਨੀ ਪਾਇ ॥ ਵਾਜੈ ਪਵਣੁ ਆਖੈ ਸਭ ਜਾਇ ॥੨॥ ਜੇਤਾ ਮੋਹੁ ਪਰੀਤਿ ਸੁਆਦ ॥ ਸਭਾ ਕਾਲਖ ਦਾਗਾ ਦਾਗ ॥ ਦਾਗ ਦੋਸ ਮੁਹਿ ਚਲਿਆ ਲਾਇ ॥ ਦਰਗਹ ਬੈਸਣ ਨਾਹੀ ਜਾਇ ॥੩॥ ਕਰਮਿ ਮਿਲੈ ਆਖਣੁ ਤੇਰਾ ਨਾਉ ॥ ਜਿਤੁ ਲਗਿ ਤਰਣਾ ਹੋਰੁ ਨਹੀ ਥਾਉ ॥ ਜੇ ਕੋ ਡੂਬੈ ਫਿਰਿ ਹੋਵੈ ਸਾਰ ॥ ਨਾਨਕ ਸਾਚਾ ਸਰਬ ਦਾਤਾਰ ॥੪॥੩॥੫॥ ਧਨਾਸਰੀ ਮਹਲਾ ੧ ॥ ਚੋਰੁ ਸਲਾਹੇ ਚੀਤੁ ਨ ਭੀਜੈ ॥ ਜੇ ਬਦੀ ਕਰੇ ਤਾ ਤਸੂ ਨ ਛੀਜੈ ॥ ਚੋਰ ਕੀ ਹਾਮਾ ਭਰੇ ਨ ਕੋਇ ॥ ਚੋਰੁ ਕੀਆ ਚੰਗਾ ਕਿਉ ਹੋਇ ॥੧॥ ਸੁਣਿ ਮਨ ਅੰਧੇ ਕੁਤੇ ਕੂੜਿਆਰ ॥ ਬਿਨੁ ਬੋਲੇ ਬੂਝੀਐ ਸਚਿਆਰ ॥੧॥ ਰਹਾਉ ॥ ਚੋਰੁ ਸੁਆਲਿਉ ਚੋਰੁ ਸਿਆਣਾ ॥ ਖੋਟੇ ਕਾ ਮੁਲੁ ਏਕੁ ਦੁਗਾਣਾ ॥ ਜੇ ਸਾਥਿ ਰਖੀਐ ਦੀਜੈ ਰਲਾਇ ॥ ਜਾ ਪਰਖੀਐ ਖੋਟਾ ਹੋਇ ਜਾਇ ॥੨॥ ਜੈਸਾ ਕਰੇ ਸੁ ਤੈਸਾ ਪਾਵੈ ॥ ਆਪਿ ਬੀਜਿ ਆਪੇ ਹੀ ਖਾਵੈ ॥ ਜੇ ਵਡਿਆਈਆ ਆਪੇ ਖਾਇ ॥ ਜੇਹੀ ਸੁਰਤਿ ਤੇਹੈ ਰਾਹਿ ਜਾਇ ॥੩॥ ਜੇ ਸਉ ਕੂੜੀਆ ਕੂੜੁ ਕਬਾੜੁ ॥ ਭਾਵੈ ਸਭੁ ਆਖਉ ਸੰਸਾਰੁ ॥ ਤੁਧੁ ਭਾਵੈ ਅਧੀ ਪਰਵਾਣੁ ॥ ਨਾਨਕ ਜਾਣੈ ਜਾਣੁ ਸੁਜਾਣੁ ॥੪॥੪॥੬॥ ਧਨਾਸਰੀ ਮਹਲਾ ੧ ॥ ਕਾਇਆ

ਕਾਗਦੁ ਮਨੁ ਪਰਵਾਣਾ ॥ ਸਿਰ ਕੇ ਲੇਖ ਨ ਪੜੈ ਇਆਣਾ ॥ ਦਰਗਹ ਘੜੀਅਹਿ ਤੀਨੇ ਲੇਖ ॥ ਖੋਟਾ ਕਾਮਿ ਨ ਆਵੈ ਵੇਖੁ ॥੧॥ ਨਾਨਕ ਜੇ ਵਿਚਿ ਰੁਪਾ ਹੋਇ ॥ ਖਰਾ ਖਰਾ ਆਖੈ ਸਭੁ ਕੋਇ ॥੧॥ ਰਹਾਉ ॥ ਕਾਦੀ ਕੂੜੁ ਬੋਲਿ ਮਲੁ ਖਾਇ ॥ ਬ੍ਰਾਹਮਣੁ ਨਾਵੈ ਜੀਆ ਘਾਇ ॥ ਜੋਗੀ ਜੁਗਤਿ ਨ ਜਾਣੈ ਅੰਧੁ ॥ ਤੀਨੇ ਓਜਾੜੇ ਕਾ ਬੰਧੁ ॥੨॥ ਸੋ ਜੋਗੀ ਜੋ ਜੁਗਤਿ ਪਛਾਣੈ ॥ ਗੁਰ ਪਰਸਾਦੀ ਏਕੋ ਜਾਣੈ ॥ ਕਾਜੀ ਸੋ ਜੋ ਉਲਟੀ ਕਰੈ ॥ ਗੁਰ ਪਰਸਾਦੀ ਜੀਵਤੁ ਮਰੈ ॥ ਸੋ ਬ੍ਰਾਹਮਣੁ ਜੋ ਬ੍ਰਹਮੁ ਬੀਚਾਰੈ ॥ ਆਪਿ ਤਰੈ ਸਗਲੇ ਕੁਲ ਤਾਰੈ ॥੩॥ ਦਾਨਸਬੰਦੁ ਸੋਈ ਦਿਲਿ ਧੋਵੈ ॥ ਮੁਸਲਮਾਣੁ ਸੋਈ ਮਲੁ ਖੋਵੈ ॥ ਪੜਿਆ ਬੂਝੈ ਸੋ ਪਰਵਾਣੁ ॥ ਜਿਸੁ ਸਿਰਿ ਦਰਗਹ ਕਾ ਨੀਸਾਣੁ ॥੪॥੫॥੭॥

ਧਨਾਸਰੀ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥

ਕਾਲੁ ਨਾਹੀ ਜੋਗੁ ਨਾਹੀ ਨਾਹੀ ਸਤ ਕਾ ਢਬੁ ॥ ਥਾਨਸਟ ਜਗ ਭਰਿਸਟ ਹੋਏ ਡੂਬਤਾ ਇਵ ਜਗੁ ॥੧॥ ਕਲ ਮਹਿ ਰਾਮ ਨਾਮੁ ਸਾਰੁ ॥ ਅਖੀ ਤ ਮੀਟਹਿ ਨਾਕ ਪਕੜਹਿ ਠਗਣ ਕਉ ਸੰਸਾਰੁ ॥੧॥ ਰਹਾਉ ॥ ਆਂਟ ਸੇਤੀ ਨਾਕੁ ਪਕੜਹਿ ਸੂਝਤੇ ਤਿਨਿ ਲੋਅ ॥ ਮਗਰ ਪਾਛੈ ਕਛੁ ਨ ਸੂਝੈ ਏਹੁ ਪਦਮੁ ਅਲੋਅ ॥੨॥ ਖਤ੍ਰੀਆ ਤ ਧਰਮੁ ਛੋਡਿਆ ਮਲੇਛ ਭਾਖਿਆ ਗਹੀ ॥ ਸ੍ਰਿਸਟਿ ਸਭ ਇਕ ਵਰਨ ਹੋਈ ਧਰਮ ਕੀ ਗਤਿ ਰਹੀ ॥੩॥ ਅਸਟ ਸਾਜ ਸਾਜਿ ਪੁਰਾਣ ਸੋਧਹਿ ਕਰਹਿ ਬੇਦ ਅਭਿਆਸੁ ॥ ਬਿਨੁ ਨਾਮ ਹਰਿ ਕੇ ਮੁਕਤਿ ਨਾਹੀ ਕਹੈ ਨਾਨਕੁ ਦਾਸੁ ॥੪॥੧॥੬॥੮॥

ਧਨਾਸਰੀ ਮਹਲਾ ੧ ਆਰਤੀ ੴ ਸਤਿਗੁਰ ਪ੍ਰਸਾਦਿ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਮਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ ॥੪॥੧॥੭॥੯॥

ਅੰਗ 663 ਤੋਂ ਧਨਾਸਰੀ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 666 ਤੱਕ ਹੈ।

ਅੰਗ 666 ਤੋਂ ਧਨਾਸਰੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 670 ਤੱਕ ਹੈ।

ਅੰਗ 670 ਤੋਂ ਧਨਾਸਰੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 684 ਤੱਕ ਹੈ।

ਅੰਗ 684 ਤੋਂ ਧਨਾਸਰੀ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 685 ਤੱਕ ਹੈ।

ਧਨਾਸਰੀ ਮਹਲਾ ੧ ......ਅਸਟਪਦੀਆ

ਅੰਗ 685 ਤੋਂ ਧਨਾਸਰੀ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 686 ਤੱਕ ਹੈ।

ਧਨਾਸਰੀ ਮਹਲਾ ੧ ਘਰੁ ੨ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥

ਗੁਰੁ ਸਾਗਰੁ ਰਤਨੀ ਭਰਪੂਰੇ ॥ ਅੰਮ੍ਰਿਤੁ ਸੰਤ ਚੁਗਹਿ ਨਹੀ ਦੂਰੇ ॥ ਹਰਿ ਰਸੁ ਚੋਗ ਚੁਗਹਿ ਪ੍ਰਭ ਭਾਵੈ ॥ ਸਰਵਰ ਮਹਿ ਹੰਸੁ ਪ੍ਰਾਨਪਤਿ ਪਾਵੈ ॥੧॥ ਕਿਆ ਬਗੁ ਬਪੁੜਾ ਛਪੜੀ ਨਾਇ ॥ ਕੀਚੜਿ ਡੂਬੈ ਮੈਲੁ ਨ ਜਾਇ ॥੧॥ ਰਹਾਉ ॥ ਰਖਿ ਰਖਿ ਚਰਨ ਧਰੇ ਵੀਚਾਰੀ ॥ ਦੁਬਿਧਾ ਛੋਡਿ ਭਏ ਨਿਰੰਕਾਰੀ ॥ ਮੁਕਤਿ ਪਦਾਰਥੁ ਹਰਿ ਰਸ ਚਾਖੇ ॥ ਆਵਣ ਜਾਣ ਰਹੇ ਗੁਰਿ ਰਾਖੇ ॥੨॥ ਸਰਵਰ ਹੰਸਾ ਛੋਡਿ ਨ ਜਾਇ ॥ ਪ੍ਰੇਮ ਭਗਤਿ ਕਰਿ ਸਹਜਿ ਸਮਾਇ ॥ ਸਰਵਰ ਮਹਿ ਹੰਸੁ ਹੰਸ ਮਹਿ ਸਾਗਰੁ ॥ ਅਕਥ ਕਥਾ ਗੁਰ ਬਚਨੀ ਆਦਰੁ ॥੩॥ ਸੁੰਨ ਮੰਡਲ ਇਕੁ ਜੋਗੀ ਬੈਸੇ ॥ ਨਾਰਿ ਨ ਪੁਰਖੁ ਕਹਹੁ ਕੋਊ ਕੈਸੇ ॥ ਤ੍ਰਿਭਵਣ ਜੋਤਿ ਰਹੇ ਲਿਵ ਲਾਈ ॥ ਸੁਰਿ ਨਰ ਨਾਥ ਸਚੇ ਸਰਣਾਈ ॥੪॥ ਆਨੰਦ ਮੂਲੁ ਅਨਾਥ ਅਧਾਰੀ ॥ ਗੁਰਮੁਖਿ ਭਗਤਿ ਸਹਜਿ ਬੀਚਾਰੀ ॥ ਭਗਤਿ ਵਛਲ ਭੈ ਕਾਟਣਹਾਰੇ ॥ ਹਉਮੈ ਮਾਰਿ ਮਿਲੇ ਪਗੁ ਧਾਰੇ ॥੫॥ ਅਨਿਕ ਜਤਨ ਕਰਿ ਕਾਲੁ ਸੰਤਾਏ ॥ ਮਰਣੁ ਲਿਖਾਇ ਮੰਡਲ ਮਹਿ ਆਏ ॥ਜਨਮੁ ਪਦਾਰਥੁ ਦੁਬਿਧਾ ਖੋਵੈ ॥ ਆਪੁ ਨ ਚੀਨਸਿ ਭ੍ਰਮਿ ਭ੍ਰਮਿ ਰੋਵੈ ॥੬॥ ਕਹਤਉ ਪੜਤਉ ਸੁਣਤਉ ਏਕ ॥ ਧੀਰਜ ਧਰਮੁ ਧਰਣੀਧਰ ਟੇਕ ॥ ਜਤੁ ਸਤੁ ਸੰਜਮੁ ਰਿਦੈ ਸਮਾਏ ॥ ਚਉਥੇ ਪਦ ਕਉ ਜੇ ਮਨੁ ਪਤੀਆਏ ॥੭॥ ਸਾਚੇ ਨਿਰਮਲ ਮੈਲੁ ਨ ਲਾਗੈ ॥ ਗੁਰ ਕੈ ਸਬਦਿ ਭਰਮ ਭਉ ਭਾਗੈ ॥ ਸੂਰਤਿ ਮੂਰਤਿ ਆਦਿ ਅਨੂਪੁ ॥ ਨਾਨਕੁ ਜਾਚੈ ਸਾਚੁ ਸਰੂਪੁ ॥੮॥੧॥ ਧਨਾਸਰੀ ਮਹਲਾ ੧ ॥ ਸਹਜਿ ਮਿਲੈ ਮਿਲਿਆ

ਪਰਵਾਣੁ ॥ ਨਾ ਤਿਸੁ ਮਰਣੁ ਨ ਆਵਣੁ ਜਾਣੁ ॥ ਠਾਕੁਰ ਮਹਿ ਦਾਸੁ ਦਾਸ ਮਹਿ ਸੋਇ ॥ ਜਹ ਦੇਖਾ ਤਹ ਅਵਰੁ ਨ ਕੋਇ ॥੧॥ ਗੁਰਮੁਖਿ ਭਗਤਿ ਸਹਜ ਘਰੁ ਪਾਈਐ ॥ ਬਿਨੁ ਗੁਰ ਭੇਟੇ ਮਰਿ ਆਈਐ ਜਾਈਐ ॥੧॥ ਰਹਾਉ ॥ ਸੋ ਗੁਰੁ ਕਰਉ ਜਿ ਸਾਚੁ ਦ੍ਰਿੜਾਵੈ ॥ ਅਕਥੁ ਕਥਾਵੈ ਸਬਦਿ ਮਿਲਾਵੈ ॥ ਹਰਿ ਕੇ ਲੋਗ ਅਵਰ ਨਹੀ ਕਾਰਾ ॥ ਸਾਚਉ ਠਾਕੁਰੁ ਸਾਚੁ ਪਿਆਰਾ ॥੨॥ ਤਨ ਮਹਿ ਮਨੂਆ ਮਨ ਮਹਿ ਸਾਚਾ ॥ ਸੋ ਸਾਚਾ ਮਿਲਿ ਸਾਚੇ ਰਾਚਾ ॥ ਸੇਵਕੁ ਪ੍ਰਭ ਕੈ ਲਾਗੈ ਪਾਇ ॥ ਸਤਿਗੁਰੁ ਪੂਰਾ ਮਿਲੈ ਮਿਲਾਇ ॥੩॥ ਆਪਿ ਦਿਖਾਵੈ ਆਪੇ ਦੇਖੈ ॥ ਹਠਿ ਨ ਪਤੀਜੈ ਨਾ ਬਹੁ ਭੇਖੈ ॥ ਘੜਿ ਭਾਡੇ ਜਿਨਿ ਅੰਮ੍ਰਿਤੁ ਪਾਇਆ ॥ ਪ੍ਰੇਮ ਭਗਤਿ ਪ੍ਰਭਿ ਮਨੁ ਪਤੀਆਇਆ ॥੪॥ ਪੜਿ ਪੜਿ ਭੂਲਹਿ ਚੋਟਾ ਖਾਹਿ ॥ ਬਹੁਤੁ ਸਿਆਣਪ ਆਵਹਿ ਜਾਹਿ ॥ ਨਾਮੁ ਜਪੈ ਭਉ ਭੋਜਨੁ ਖਾਇ ॥ ਗੁਰਮੁਖਿ ਸੇਵਕ ਰਹੇ ਸਮਾਇ ॥੫॥ ਪੂਜਿ ਸਿਲਾ ਤੀਰਥ ਬਨ ਵਾਸਾ ॥ ਭਰਮਤ ਡੋਲਤ ਭਏ ਉਦਾਸਾ ॥ ਮਨਿ ਮੈਲੈ ਸੂਚਾ ਕਿਉ ਹੋਇ ॥ ਸਾਚਿ ਮਿਲੈ ਪਾਵੈ ਪਤਿ ਸੋਇ ॥੬॥ ਆਚਾਰਾ ਵੀਚਾਰੁ ਸਰੀਰਿ ॥ ਆਦਿ ਜੁਗਾਦਿ ਸਹਜਿ ਮਨੁ ਧੀਰਿ ॥ ਪਲ ਪੰਕਜ ਮਹਿ ਕੋਟਿ ਉਧਾਰੇ ॥ ਕਰਿ ਕਿਰਪਾ ਗੁਰੁ ਮੇਲਿ ਪਿਆਰੇ ॥੭॥ ਕਿਸੁ ਆਗੈ ਪ੍ਰਭ ਤੁਧੁ ਸਾਲਾਹੀ ॥ ਤੁਧੁ ਬਿਨੁ ਦੂਜਾ ਮੈ ਕੋ ਨਾਹੀ ॥ ਜਿਉ ਤੁਧੁ ਭਾਵੈ ਤਿਉ ਰਾਖੁ ਰਜਾਇ ॥ ਨਾਨਕ ਸਹਜਿ ਭਾਇ ਗੁਣ ਗਾਇ ॥੮॥੨॥

ਅੰਗ 686 ਤੋਂ ਧਨਾਸਰੀ ਮਹਲ ੫ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 687 ਤੱਕ ਹੈ।

ਧਨਾਸਰੀ ਮਹਲਾ ੧ ਛੰਤ

ਅੰਗ 687 ਤੋਂ ਧਨਾਸਰੀ ਮਹਲਾ ੧ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 689 ਤੱਕ ਹੈ।

ਧਨਾਸਰੀ ਮਹਲਾ ੧ ਛੰਤ ੴ ਸਤਿਗੁਰ ਪ੍ਰਸਾਦਿ ॥

ਤੀਰਥਿ ਨਾਵਣ ਜਾਉ ਤੀਰਥੁ ਨਾਮੁ ਹੈ ॥ ਤੀਰਥੁ ਸਬਦ ਬੀਚਾਰੁ ਅੰਤਰਿ ਗਿਆਨੁ ਹੈ ॥ ਗੁਰ ਗਿਆਨੁ ਸਾਚਾ ਥਾਨੁ ਤੀਰਥੁ ਦਸ ਪੁਰਬ ਸਦਾ ਦਸਾਹਰਾ ॥ ਹਉ ਨਾਮੁ ਹਰਿ ਕਾ ਸਦਾ ਜਾਚਉ ਦੇਹੁ ਪ੍ਰਭ ਧਰਣੀਧਰਾ ॥ ਸੰਸਾਰੁ ਰੋਗੀ ਨਾਮੁ ਦਾਰੂ ਮੈਲੁ ਲਾਗੈ ਸਚ ਬਿਨਾ ॥ ਗੁਰ ਵਾਕੁ ਨਿਰਮਲੁ ਸਦਾ ਚਾਨਣੁ ਨਿਤ ਸਾਚੁ ਤੀਰਥੁ ਮਜਨਾ ॥੧॥ ਸਾਚਿ ਨ ਲਾਗੈ ਮੈਲੁ ਕਿਆ ਮਲੁ ਧੋਈਐ ॥ ਗੁਣਹਿ ਹਾਰੁ ਪਰੋਇ ਕਿਸ ਕਉ ਰੋਈਐ ॥ ਵੀਚਾਰਿ ਮਾਰੈ ਤਰੈ ਤਾਰੈ ਉਲਟਿ ਜੋਨਿ ਨ ਆਵਏ ॥ ਆਪਿ ਪਾਰਸੁ ਪਰਮ ਧਿਆਨੀ ਸਾਚੁ ਸਾਚੇ ਭਾਵਏ ॥ ਆਨੰਦੁ ਅਨਦਿਨੁ ਹਰਖੁ ਸਾਚਾ ਦੂਖ ਕਿਲਵਿਖ ਪਰਹਰੇ ॥ ਸਚੁ ਨਾਮੁ ਪਾਇਆ ਗੁਰਿ ਦਿਖਾਇਆ ਮੈਲੁ ਨਾਹੀ ਸਚ ਮਨੇ ॥੨॥ ਸੰਗਤਿ ਮੀਤ ਮਿਲਾਪੁ ਪੂਰਾ ਨਾਵਣੋ ॥ ਗਾਵੈ ਗਾਵਣਹਾਰੁ ਸਬਦਿ ਸੁਹਾਵਣੋ ॥ ਸਾਲਾਹਿ ਸਾਚੇ ਮੰਨਿ ਸਤਿਗੁਰੁ ਪੁੰਨ ਦਾਨ ਦਇਆ ਮਤੇ ॥ ਪਿਰ ਸੰਗਿ ਭਾਵੈ ਸਹਜਿ ਨਾਵੈ ਬੇਣੀ ਤ ਸੰਗਮੁ ਸਤ ਸਤੇ ॥ ਆਰਾਧਿ ਏਕੰਕਾਰੁ ਸਾਚਾ ਨਿਤ ਦੇਇ ਚੜੈ ਸਵਾਇਆ ॥ ਗਤਿ ਸੰਗਿ ਮੀਤਾ ਸੰਤਸੰਗਤਿ ਕਰਿ ਨਦਰਿ ਮੇਲਿ ਮਿਲਾਇਆ ॥੩॥ ਕਹਣੁ ਕਹੈ ਸਭੁ ਕੋਇ ਕੇਵਡੁ ਆਖੀਐ ॥ ਹਉ ਮੂਰਖੁ ਨੀਚੁ ਅਜਾਣੁ ਸਮਝਾ ਸਾਖੀਐ ॥ ਸਚੁ ਗੁਰ ਕੀ ਸਾਖੀ ਅੰਮ੍ਰਿਤ ਭਾਖੀ ਤਿਤੁ ਮਨੁ ਮਾਨਿਆ ਮੇਰਾ ॥ ਕੂਚੁ ਕਰਹਿ ਆਵਹਿ ਬਿਖੁ ਲਾਦੇ ਸਬਦਿ ਸਚੈ ਗੁਰੁ ਮੇਰਾ ॥ ਆਖਣਿ ਤੋਟਿ ਨ ਭਗਤਿ ਭੰਡਾਰੀ ਭਰਿਪੁਰਿ ਰਹਿਆ ਸੋਈ ॥ ਨਾਨਕ ਸਾਚੁ ਕਹੈ ਬੇਨੰਤੀ ਮਨੁ ਮਾਂਜੈ ਸਚੁ ਸੋਈ ॥੪॥੧॥ ਧਨਾਸਰੀ ਮਹਲਾ ੧ ॥ ਜੀਵਾ ਤੇਰੈ ਨਾਇ ਮਨਿ ਆਨੰਦੁ ਹੈ ਜੀਉ ॥ ਸਾਚੋ ਸਾਚਾ ਨਾਉ ਗੁਣ ਗੋਵਿੰਦੁ ਹੈ ਜੀਉ ॥ ਗੁਰ ਗਿਆਨੁ ਅਪਾਰਾ ਸਿਰਜਣਹਾਰਾ ਜਿਨਿ ਸਿਰਜੀ ਤਿਨਿ ਗੋਈ ॥ ਪਰਵਾਣਾ ਆਇਆ ਹੁਕਮਿ ਪਠਾਇਆ ਫੇਰਿ ਨ ਸਕੈ ਕੋਈ ॥ ਆਪੇ ਕਰਿ ਵੇਖੈ ਸਿਰਿ ਸਿਰਿ ਲੇਖੈ ਆਪੇ ਸੁਰਤਿ ਬੁਝਾਈ ॥ ਨਾਨਕ ਸਾਹਿਬੁ ਅਗਮ ਅਗੋਚਰੁ ਜੀਵਾ ਸਚੀ ਨਾਈ ॥੧॥ ਤੁਮ ਸਰਿ ਅਵਰੁ ਨ ਕੋਇ ਆਇਆ ਜਾਇਸੀ ਜੀਉ ॥ ਹੁਕਮੀ ਹੋਇ ਨਿਬੇੜੁ ਭਰਮੁ ਚੁਕਾਇਸੀ ਜੀਉ ॥ ਗੁਰੁ ਭਰਮੁ ਚੁਕਾਏ ਅਕਥੁ ਕਹਾਏ ਸਚ ਮਹਿ ਸਾਚੁ ਸਮਾਣਾ ॥ ਆਪਿ ਉਪਾਏ ਆਪਿ ਸਮਾਏ ਹੁਕਮੀ ਹੁਕਮੁ ਪਛਾਣਾ ॥ ਸਚੀ ਵਡਿਆਈ ਗੁਰ ਤੇ ਪਾਈ ਤੂ ਮਨਿ ਅੰਤਿ

ਸਖਾਈ ॥ ਨਾਨਕ ਸਾਹਿਬੁ ਅਵਰੁ ਨ ਦੂਜਾ ਨਾਮਿ ਤੇਰੈ ਵਡਿਆਈ ॥੨॥ ਤੂ ਸਚਾ ਸਿਰਜਣਹਾਰੁ ਅਲਖ ਸਿਰੰਦਿਆ ਜੀਉ ॥ ਏਕੁ ਸਾਹਿਬੁ ਦੁਇ ਰਾਹ ਵਾਦ ਵਧੰਦਿਆ ਜੀਉ ॥ ਦੁਇ ਰਾਹ ਚਲਾਏ ਹੁਕਮਿ ਸਬਾਏ ਜਨਮਿ ਮੁਆ ਸੰਸਾਰਾ ॥ ਨਾਮ ਬਿਨਾ ਨਾਹੀ ਕੋ ਬੇਲੀ ਬਿਖੁ ਲਾਦੀ ਸਿਰਿ ਭਾਰਾ ॥ ਹੁਕਮੀ ਆਇਆ ਹੁਕਮੁ ਨ ਬੂਝੈ ਹੁਕਮਿ ਸਵਾਰਣਹਾਰਾ ॥ ਨਾਨਕ ਸਾਹਿਬੁ ਸਬਦਿ ਸਿਞਾਪੈ ਸਾਚਾ ਸਿਰਜਣਹਾਰਾ ॥੩॥ ਭਗਤ ਸੋਹਹਿ ਦਰਵਾਰਿ ਸਬਦਿ ਸੁਹਾਇਆ ਜੀਉ ॥ ਬੋਲਹਿ ਅੰਮ੍ਰਿਤ ਬਾਣਿ ਰਸਨ ਰਸਾਇਆ ਜੀਉ ॥ ਰਸਨ ਰਸਾਏ ਨਾਮਿ ਤਿਸਾਏ ਗੁਰ ਕੈ ਸਬਦਿ ਵਿਕਾਣੇ ॥ ਪਾਰਸਿ ਪਰਸਿਐ ਪਾਰਸੁ ਹੋਏ ਜਾ ਤੇਰੈ ਮਨਿ ਭਾਣੇ ॥ ਅਮਰਾ ਪਦੁ ਪਾਇਆ ਆਪੁ ਗਵਾਇਆ ਵਿਰਲਾ ਗਿਆਨ ਵੀਚਾਰੀ ॥ ਨਾਨਕ ਭਗਤ ਸੋਹਨਿ ਦਰਿ ਸਾਚੈ ਸਾਚੇ ਕੇ ਵਾਪਾਰੀ ॥੪॥ ਭੂਖ ਪਿਆਸੋ ਆਥਿ ਕਿਉ ਦਰਿ ਜਾਇਸਾ ਜੀਉ ॥ ਸਤਿਗੁਰ ਪੂਛਉ ਜਾਇ ਨਾਮੁ ਧਿਆਇਸਾ ਜੀਉ ॥ ਸਚੁ ਨਾਮੁ ਧਿਆਈ ਸਾਚੁ ਚਵਾਈ ਗੁਰਮੁਖਿ ਸਾਚੁ ਪਛਾਣਾ ॥ ਦੀਨਾ ਨਾਥੁ ਦਇਆਲੁ ਨਿਰੰਜਨੁ ਅਨਦਿਨੁ ਨਾਮੁ ਵਖਾਣਾ ॥ ਕਰਣੀ ਕਾਰ ਧੁਰਹੁ ਫੁਰਮਾਈ ਆਪਿ ਮੁਆ ਮਨੁ ਮਾਰੀ ॥ ਨਾਨਕ ਨਾਮੁ ਮਹਾ ਰਸੁ ਮੀਠਾ ਤ੍ਰਿਸਨਾ ਨਾਮਿ ਨਿਵਾਰੀ ॥੫॥੨॥ ਧਨਾਸਰੀ ਛੰਤ ਮਹਲਾ ੧ ॥ ਪਿਰ ਸੰਗਿ ਮੂਠੜੀਏ ਖਬਰਿ ਨ ਪਾਈਆ ਜੀਉ ॥ ਮਸਤਕਿ ਲਿਖਿਅੜਾ ਲੇਖੁ ਪੁਰਬਿ ਕਮਾਇਆ ਜੀਉ ॥ ਲੇਖੁ ਨ ਮਿਟਈ ਪੁਰਬਿ ਕਮਾਇਆ ਕਿਆ ਜਾਣਾ ਕਿਆ ਹੋਸੀ ॥ ਗੁਣੀ ਅਚਾਰਿ ਨਹੀ ਰੰਗਿ ਰਾਤੀ ਅਵਗੁਣ ਬਹਿ ਬਹਿ ਰੋਸੀ ॥ ਧਨੁ ਜੋਬਨੁ ਆਕ ਕੀ ਛਾਇਆ ਬਿਰਧਿ ਭਏ ਦਿਨ ਪੁੰਨਿਆ ॥ ਨਾਨਕ ਨਾਮ ਬਿਨਾ ਦੋਹਾਗਣਿ ਛੂਟੀ ਝੂਠਿ ਵਿਛੁੰਨਿਆ ॥੧॥ ਬੂਡੀ ਘਰੁ ਘਾਲਿਓ ਗੁਰ ਕੈ ਭਾਇ ਚਲੋ ॥ ਸਾਚਾ ਨਾਮੁ ਧਿਆਇ ਪਾਵਹਿ ਸੁਖਿ ਮਹਲੋ ॥ ਹਰਿ ਨਾਮੁ ਧਿਆਏ ਤਾ ਸੁਖੁ ਪਾਏ ਪੇਈਅੜੈ ਦਿਨ ਚਾਰੇ ॥ ਨਿਜ ਘਰਿ ਜਾਇ ਬਹੈ ਸਚੁ ਪਾਏ ਅਨਦਿਨੁ ਨਾਲਿ ਪਿਆਰੇ ॥ ਵਿਣੁ ਭਗਤੀ ਘਰਿ ਵਾਸੁ ਨ ਹੋਵੀ ਸੁਣਿਅਹੁ ਲੋਕ ਸਬਾਏ ॥ ਨਾਨਕ ਸਰਸੀ ਤਾ ਪਿਰੁ ਪਾਏ ਰਾਤੀ ਸਾਚੈ ਨਾਏ ॥੨॥ ਪਿਰੁ ਧਨ ਭਾਵੈ ਤਾ ਪਿਰ ਭਾਵੈ ਨਾਰੀ ਜੀਉ ॥ ਰੰਗਿ ਪ੍ਰੀਤਮ ਰਾਤੀ ਗੁਰ ਕੈ ਸਬਦਿ ਵੀਚਾਰੀ ਜੀਉ ॥ ਗੁਰ ਸਬਦਿ ਵੀਚਾਰੀ ਨਾਹ ਪਿਆਰੀ ਨਿਵਿ ਨਿਵਿ ਭਗਤਿ ਕਰੇਈ ॥ ਮਾਇਆ ਮੋਹੁ ਜਲਾਏ ਪ੍ਰੀਤਮੁ ਰਸ ਮਹਿ ਰੰਗੁ ਕਰੇਈ ॥ ਪ੍ਰਭ ਸਾਚੇ ਸੇਤੀ ਰੰਗਿ

ਰੰਗੇਤੀ ਲਾਲ ਭਈ ਮਨੁ ਮਾਰੀ ॥ ਨਾਨਕ ਸਾਚਿ ਵਸੀ ਸੋਹਾਗਣਿ ਪਿਰ ਸਿਉ ਪ੍ਰੀਤਿ ਪਿਆਰੀ ॥੩॥ ਪਿਰ ਘਰਿ ਸੋਹੈ ਨਾਰਿ ਜੇ ਪਿਰ ਭਾਵਏ ਜੀਉ ॥ ਝੂਠੇ ਵੈਣ ਚਵੇ ਕਾਮਿ ਨ ਆਵਏ ਜੀਉ ॥ ਝੂਠੁ ਅਲਾਵੈ ਕਾਮਿ ਨ ਆਵੈ ਨਾ ਪਿਰੁ ਦੇਖੈ ਨੈਣੀ ॥ ਅਵਗੁਣਿਆਰੀ ਕੰਤਿ ਵਿਸਾਰੀ ਛੂਟੀ ਵਿਧਣ ਰੈਣੀ ॥ ਗੁਰ ਸਬਦੁ ਨ ਮਾਨੈ ਫਾਹੀ ਫਾਥੀ ਸਾ ਧਨ ਮਹਲੁ ਨ ਪਾਏ ॥ ਨਾਨਕ ਆਪੇ ਆਪੁ ਪਛਾਣੈ ਗੁਰਮੁਖਿ ਸਹਜਿ ਸਮਾਏ ॥੪॥ ਧਨ ਸੋਹਾਗਣਿ ਨਾਰਿ ਜਿਨਿ ਪਿਰੁ ਜਾਣਿਆ ਜੀਉ ॥ ਨਾਮ ਬਿਨਾ ਕੂੜਿਆਰਿ ਕੂੜੁ ਕਮਾਣਿਆ ਜੀਉ ॥ ਹਰਿ ਭਗਤਿ ਸੁਹਾਵੀ ਸਾਚੇ ਭਾਵੀ ਭਾਇ ਭਗਤਿ ਪ੍ਰਭ ਰਾਤੀ ॥ ਪਿਰੁ ਰਲੀਆਲਾ ਜੋਬਨਿ ਬਾਲਾ ਤਿਸੁ ਰਾਵੇ ਰੰਗਿ ਰਾਤੀ ॥ ਗੁਰ ਸਬਦਿ ਵਿਗਾਸੀ ਸਹੁ ਰਾਵਾਸੀ ਫਲੁ ਪਾਇਆ ਗੁਣਕਾਰੀ ॥ ਨਾਨਕ ਸਾਚੁ ਮਿਲੈ ਵਡਿਆਈ ਪਿਰ ਘਰਿ ਸੋਹੈ ਨਾਰੀ ॥੫॥੩॥

ਅੰਗ 690 'ਤੇ ਧਨਾਸਰੀ ਛੰਤ ਮਹਲਾ ੪ ਬਾਣੀ ਹੈ।

ਅੰਗ 691 'ਤੇ ਧਨਾਸਰੀ ਮਹਲਾ ੫ ਛੰਤ ਬਾਣੀ ਹੈ।

ਅੰਗ 691 ਤੋਂ ਰਾਗੁ ਧਨਾਸਰੀ ਬਾਣੀ ਭਗਤ ਕਬੀਰ ਜੀ ਕੀ ਸ਼ੁਰੂ ਹੋ ਜਾਂਦੀ ਹੈ, ਜੋ 692 ਤੱਕ ਹੈ।

ਅੰਗ 692 ਤੋਂ ਧਨਾਸਰੀ ਬਾਣੀ ਭਗਤ ਨਾਮਦੇਵ ਜੀ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 694 ਤੱਕ ਹੈ।

ਅੰਗ 694 ’ਤੇ ਧਨਾਸਰੀ ਭਗਤ ਰਵਿਦਾਸ ਜੀ ਕੀ ਬਾਣੀ ਹੈ।

ਅੰਗ 695 ’ਤੇ ਧਨਾਸਰੀ ਬਾਣੀ ਭਗਤਾਂ ਕੀ ਤ੍ਰਿਲੋਚਨ ਦਰਜ ਹੈ।

ਅੰਗ 969 ਤੋਂ ਜੈਤਸਰੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 700 ਤੱਕ ਹੈ।

ਅੰਗ 700 ਤੋਂ ਜੈਤਸਰੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 702 ਤੱਕ ਹੈ।

ਅੰਗ 702 ਤੋਂ ਜੈਤਸਰੀ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 703 ਤੱਕ ਹੈ।

ਅੰਗ 703 ਤੋਂ ਜੈਤਸਰੀ ਮਹਲਾ ੫ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 705 ਤੱਕ ਹੈ।

ਅੰਗ 705 ਤੋਂ ਜੈਤਸਰੀ ਮਹਲਾ ੫ ਵਾਰ ਸਲੋਕਾ ਨਾਲਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 710 ਤੱਕ ਹੈ।

ਅੰਗ 710 'ਤੇ ਜੈਤਸਰੀ ਬਾਣੀ ਭਗਤਾ ਕੀ ਦਰਜ ਹੈ।

ਅੰਗ 711 'ਤੇ ਰਾਗੁ ਟੋਡੀ ਮਹਲਾ ੪ ਬਾਣੀ ਦਰਜ ਹੈ।

ਅੰਗ 711 ਤੋਂ ਟੋਡੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 718 ਤੱਕ ਹੈ।

ਅੰਗ 718 'ਤੇ ਟੋਡੀ ਮਹਲਾ ੯ ਬਾਣੀ ਦਰਜ ਹੈ।

ਅੰਗ 718 'ਤੇ ਟੋਡੀ ਬਾਣੀ ਭਗਤਾਂ ਕੀ ਦਰਜ ਹੈ।

ਅੰਗ 719 'ਤੇ ਰਾਗੁ ਬੈਰਾੜੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 720 ਤੱਕ ਹੈ।

ਅੰਗ 720 'ਤੇ ਰਾਗੁ ਬੈਰਾੜੀ ਮਹਲਾ ੫ ਬਾਣੀ ਹੈ।

ਰਾਗੁ ਤਿਲੰਗ ਮਹਲਾ ੧

ਅੰਗ 721 ਤੋਂ ਰਾਗੁ ਤਿਲੰਗ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 723 ਤੱਕ ਹੈ।

ਰਾਗੁ ਤਿਲੰਗ ਮਹਲਾ ੧ ਘਰੁ ੧

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਯਕ ਅਰਜ ਗੁਫਤਮ ਪੇਸਿ ਤੋ ਦਰ ਗੋਸ ਕੁਨ ਕਰਤਾਰ ॥ ਹਕਾ ਕਬੀਰ ਕਰੀਮ ਤੂ ਬੇਐਬ ਪਰਵਦਗਾਰ ॥੧॥ ਦੁਨੀਆ ਮੁਕਾਮੇ ਫਾਨੀ ਤਹਕੀਕ ਦਿਲ ਦਾਨੀ ॥ ਮਮ ਸਰ ਮੂਇ ਅਜਰਾਈਲ ਗਿਰਫਤਹ ਦਿਲ ਹੇਚਿ ਨ ਦਾਨੀ ॥੧॥ ਰਹਾਉ ॥ ਜਨ ਪਿਸਰ ਪਦਰ

ਬਿਰਾਦਰਾਂ ਕਸ ਨੇਸ ਦਸਤੰਗੀਰ ॥ ਆਖਿਰ ਬਿਅਫਤਮ ਕਸ ਨ ਦਾਰਦ ਚੂੰ ਸਵਦ ਤਕਬੀਰ ॥੨॥ ਸਬ ਰੋਜ ਗਸਤਮ ਦਰ ਹਵਾ ਕਰਦੇਮ ਬਦੀ ਖਿਆਲ ॥ ਗਾਹੇ ਨ ਨੇਕੀ ਕਾਰ ਕਰਦਮ ਮਮ ਈਂ ਚਿਨੀ ਅਹਵਾਲ ॥੩॥ ਬਦਬਖਤ ਹਮ ਚੁ ਬਖੀਲ ਗਾਫਿਲ ਬੇਨਜਰ ਬੇਬਾਕ ॥ ਨਾਨਕ ਬੁਗੋਯਦ ਜਨੁ ਤੁਰਾ ਤੇਰੇ ਚਾਕਰਾਂ ਪਾ ਖਾਕ ॥੪॥੧॥

ਤਿਲੰਗ ਮਹਲਾ ੧ ਘਰੁ ੨ ੧ਓ ☬ ਸਤਿਗੁਰ ਪ੍ਰਸਾਦਿ ॥ ਭਉ ਤੇਰਾ ਭਾਂਗ ਖਲੜੀ ਮੇਰਾ ਚੀਤੁ ॥ ਮੈ ਦੇਵਾਨਾ ਭਇਆ ਅਤੀਤੁ ॥ ਕਰ ਕਾਸਾ ਦਰਸਨ ਕੀ ਭੂਖ ॥ ਮੈ ਦਰਿ ਮਾਗਉ ਨੀਤਾ ਨੀਤ ॥੧॥ ਤਉ ਦਰਸਨ ਕੀ ਕਰਉ ਸਮਾਇ ॥ ਮੈ ਦਰਿ ਮਾਗਤੁ ਭੀਖਿਆ ਪਾਇ ॥੧॥ ਰਹਾਉ ॥ ਕੇਸਰਿ ਕੁਸਮ ਮਿਰਗਮੈ ਹਰਣਾ ਸਰਬ ਸਰੀਰੀ ਚੜ੍ਹਣਾ ॥ ਚੰਦਨ ਭਗਤਾ ਜੋਤਿ ਇਨੇਹੀ ਸਰਬੇ ਪਰਮਲੁ ਕਰਣਾ ॥੨॥ ਘਿਅ ਪਟ ਭਾਂਡਾ ਕਹੈ ਨ ਕੋਇ ॥ ਐਸਾ ਭਗਤੁ ਵਰਨ ਮਹਿ ਹੋਇ ॥ ਤੇਰੈ ਨਾਮਿ ਨਿਵੇ ਰਹੇ ਲਿਵ ਲਾਇ ॥ ਨਾਨਕ ਤਿਨ ਦਰਿ ਭੀਖਿਆ ਪਾਇ ॥੩॥੧॥੨॥

ਤਿਲੰਗ ਮਹਲਾ ੧ ਘਰੁ ੩ ੧ਓ ☬ ਸਤਿਗੁਰ ਪ੍ਰਸਾਦਿ ॥ ਇਹੁ ਤਨੁ ਮਾਇਆ ਪਾਹਿਆ ਪਿਆਰੇ ਲੀਤੜਾ ਲਬਿ ਰੰਗਾਏ ॥ ਮੇਰੈ ਕੰਤ ਨ ਭਾਵੈ ਚੋਲੜਾ ਪਿਆਰੇ ਕਿਉ ਧਨ ਸੇਜੈ ਜਾਏ ॥੧॥ ਹੰਉ ਕੁਰਬਾਨੈ ਜਾਉ ਮਿਹਰਵਾਨਾ ਹੰਉ ਕੁਰਬਾਨੈ ਜਾਉ ॥ ਹੰਉ ਕੁਰਬਾਨੈ ਜਾਉ ਤਿਨਾ ਕੈ ਲੈਨਿ ਜੋ ਤੇਰਾ ਨਾਉ ॥ ਲੈਨਿ ਜੋ ਤੇਰਾ ਨਾਉ ਤਿਨਾ ਕੈ ਹੰਉ ਸਦ ਕੁਰਬਾਨੈ ਜਾਉ ॥੧॥ ਰਹਾਉ ॥ ਕਾਇਆ ਰੰਙਣਿ ਜੇ ਥੀਐ ਪਿਆਰੇ ਪਾਈਐ ਨਾਉ ਮਜੀਠ ॥ ਰੰਙਣ ਵਾਲਾ ਜੇ ਰੰਙੈ ਸਾਹਿਬੁ ਐਸਾ ਰੰਗੁ ਨ ਡੀਠ ॥੨॥ ਜਿਨ ਕੇ ਚੋਲੇ ਰਤੜੇ ਪਿਆਰੇ ਕੰਤੁ ਤਿਨਾ ਕੈ ਪਾਸਿ ॥ ਧੂੜਿ ਤਿਨਾ ਕੀ ਜੇ ਮਿਲੈ ਜੀ ਕਹੁ ਨਾਨਕ ਕੀ ਅਰਦਾਸਿ ॥੩॥ ਆਪੇ ਸਾਜੇ ਆਪੇ ਰੰਗੇ ਆਪੇ ਨਦਰਿ ਕਰੇਇ ॥ ਨਾਨਕ ਕਾਮਣਿ ਕੰਤੈ ਭਾਵੈ ਆਪੇ ਹੀ ਰਾਵੇਇ ॥੪॥੧॥੩॥ ਤਿਲੰਗ ਮਃ ੧ ॥ ਇਆਨੜੀਏ ਮਾਨੜਾ ਕਾਇ ਕਰੇਹਿ ॥ ਆਪਨੜੈ ਘਰਿ ਹਰਿ ਰੰਗੋ ਕੀ ਨ ਮਾਣੇਹਿ ॥ ਸਹੁ ਨੇੜੈ ਧਨ ਕੰਮਲੀਏ ਬਾਹਰੁ ਕਿਆ ਢੂਢੇਹਿ ॥ ਭੈ ਕੀਆ ਦੇਹਿ

ਸਲਾਈਆ ਨੈਣੀ ਭਾਵ ਕਾ ਕਰਿ ਸੀਗਾਰੋ ॥ ਤਾ ਸੋਹਾਗਣਿ ਜਾਣੀਐ ਲਾਗੀ ਜਾ ਸਹੁ ਧਰੇ ਪਿਆਰੋ ॥੧॥ ਇਆਣੀ ਬਾਲੀ ਕਿਆ ਕਰੇ ਜਾ ਧਨ ਕੰਤ ਨ ਭਾਵੈ ॥ ਕਰਣ ਪਲਾਹ ਕਰੇ ਬਹੁਤੇਰੇ ਸਾ ਧਨ ਮਹਲੁ ਨ ਪਾਵੈ ॥ ਵਿਣੁ ਕਰਮਾ ਕਿਛੁ ਪਾਈਐ ਨਾਹੀ ਜੇ ਬਹੁਤੇਰਾ ਧਾਵੈ ॥ ਲਬ ਲੋਭ ਅਹੰਕਾਰ ਕੀ ਮਾਤੀ ਮਾਇਆ ਮਾਹਿ ਸਮਾਣੀ ॥ ਇਨੀ ਬਾਤੀ ਸਹੁ ਪਾਈਐ ਨਾਹੀ ਭਈ ਕਾਮਣਿ ਇਆਣੀ ॥੨॥ ਜਾਇ ਪੁਛਹੁ ਸੋਹਾਗਣੀ ਵਾਹੈ ਕਿਨੀ ਬਾਤੀ ਸਹੁ ਪਾਈਐ ॥ ਜੋ ਕਿਛੁ ਕਰੇ ਸੋ ਭਲਾ ਕਰਿ ਮਾਨੀਐ ਹਿਕਮਤਿ ਹੁਕਮੁ ਚੁਕਾਈਐ ॥ ਜਾ ਕੈ ਪ੍ਰੇਮਿ ਪਦਾਰਥੁ ਪਾਈਐ ਤਉ ਚਰਣੀ ਚਿਤੁ ਲਾਈਐ ॥ ਸਹੁ ਕਹੈ ਸੋ ਕੀਜੈ ਤਨੁ ਮਨੋ ਦੀਜੈ ਐਸਾ ਪਰਮਲੁ ਲਾਈਐ ॥ ਏਵ ਕਹਹਿ ਸੋਹਾਗਣੀ ਭੈਣੇ ਇਨੀ ਬਾਤੀ ਸਹੁ ਪਾਈਐ ॥੩॥ ਆਪੁ ਗਵਾਈਐ ਤਾ ਸਹੁ ਪਾਈਐ ਅਉਰੁ ਕੈਸੀ ਚਤੁਰਾਈ ॥ ਸਹੁ ਨਦਰਿ ਕਰਿ ਦੇਖੈ ਸੋ ਦਿਨੁ ਲੇਖੈ ਕਾਮਣਿ ਨਉ ਨਿਧਿ ਪਾਈ ॥ ਆਪਣੇ ਕੰਤ ਪਿਆਰੀ ਸਾ ਸੋਹਾਗਣਿ ਨਾਨਕ ਸਾ ਸਭਰਾਈ ॥ ਐਸੇ ਰੰਗਿ ਰਾਤੀ ਸਹਜ ਕੀ ਮਾਤੀ ਅਹਿਨਿਸਿ ਭਾਇ ਸਮਾਣੀ ॥ ਸੁੰਦਰਿ ਸਾਇ ਸਰੂਪ ਬਿਚਖਣਿ ਕਹੀਐ ਸਾ ਸਿਆਣੀ ॥੪॥੨॥੪॥ ਤਿਲੰਗ ਮਹਲਾ ੧ ॥ ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ ॥ ਪਾਪ ਕੀ ਜੰਞ ਲੈ ਕਾਬਲਹੁ ਧਾਇਆ ਜੋਰੀ ਮੰਗੈ ਦਾਨੁ ਵੇ ਲਾਲੋ ॥ ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ ॥ ਕਾਜੀਆ ਬਾਮਣਾ ਕੀ ਗਲ ਥਕੀ ਅਗਦੁ ਪੜੈ ਸੈਤਾਨੁ ਵੇ ਲਾਲੋ ॥ ਮੁਸਲਮਾਨੀਆ ਪੜਹਿ ਕਤੇਬਾ ਕਸਟ ਮਹਿ ਕਰਹਿ ਖੁਦਾਇ ਵੇ ਲਾਲੋ ॥ ਜਾਤਿ ਸਨਾਤੀ ਹੋਰਿ ਹਿਦਵਾਣੀਆ ਏਹਿ ਭੀ ਲੇਖੈ ਲਾਇ ਵੇ ਲਾਲੋ ॥ ਖੂਨ ਕੇ ਸੋਹਿਲੇ ਗਾਵੀਅਹਿ ਨਾਨਕ ਰਤੁ ਕਾ ਕੁੰਗੂ ਪਾਇ ਵੇ ਲਾਲੋ ॥੧॥ ਸਾਹਿਬ ਕੇ ਗੁਣ ਨਾਨਕੁ ਗਾਵੈ ਮਾਸ ਪੁਰੀ ਵਿਚਿ ਆਖੁ ਮਸੋਲਾ ॥ ਜਿਨਿ ਉਪਾਈ ਰੰਗਿ ਰਵਾਈ ਬੈਠਾ ਵੇਖੈ ਵਖਿ ਇਕੇਲਾ ॥ ਸਚਾ ਸੋ ਸਾਹਿਬੁ ਸਚੁ ਤਪਾਵਸੁ ਸਚੜਾ ਨਿਆਉ ਕਰੇਗੁ ਮਸੋਲਾ ॥ ਕਾਇਆ ਕਪੜੁ ਟੁਕੁ ਟੁਕੁ ਹੋਸੀ ਹਿਦੁਸਤਾਨੁ ਸਮਾਲਸੀ ਬੋਲਾ ॥ ਆਵਨਿ ਅਠਤਰੈ ਜਾਨਿ ਸਤਾਨਵੈ ਹੋਰੁ ਭੀ ਉਠਸੀ ਮਰਦ ਕਾ ਚੇਲਾ ॥ ਸਚ ਕੀ ਬਾਣੀ ਨਾਨਕੁ ਆਖੈ ਸਚੁ ਸੁਣਾਇਸੀ ਸਚ ਕੀ ਬੇਲਾ ॥੨॥੩॥੫॥

ਅੰਗ 723 ’ਤੇ ਤਿਲੰਗ ਮਹਲਾ ੪ ਬਾਣੀ ਹੈ।

ਅੰਗ 723 ਤੋਂ ਤਿਲੰਗ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 724 ਤੱਕ ਹੈ।

ਤਿਲੰਗ ਮਹਲਾ ੧

ਅੰਗ 724 ਤੋਂ ਤਿਲੰਗ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 725 ਤੱਕ ਹੈ।

ਤਿਲੰਗ ਮਹਲਾ ੧ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਜਿਨਿ ਕੀਆ ਤਿਨਿ ਦੇਖਿਆ ਕਿਆ ਕਹੀਐ ਰੇ ਭਾਈ ॥ ਆਪੇ ਜਾਣੈ ਕਰੇ ਆਪਿ ਜਿਨਿ ਵਾੜੀ ਹੈ ਲਾਈ ॥੧॥ ਰਾਇਸਾ ਪਿਆਰੇ ਕਾ ਰਾਇਸਾ ਜਿਤੁ ਸਦਾ ਸੁਖੁ ਹੋਈ ॥ ਰਹਾਉ ॥ ਜਿਨਿ ਰੰਗਿ ਕੰਤੁ ਨ ਰਾਵਿਆ ਸੋ ਪਛੋ ਰੇ ਤਾਣੀ ॥ ਹਾਥ ਪਛੋੜੈ ਸਿਰੁ ਧੁਣੈ ਜਬ ਰੈਣਿ ਵਿਹਾਣੀ ॥੨॥ ਪਛੋਤਾਵਾ ਨਾ ਮਿਲੈ ਜਬ ਚੂਕੈਗੀ ਸਾਰੀ ॥ ਤਾ ਫਿਰਿ ਪਿਆਰਾ ਰਾਵੀਐ ਜਬ ਆਵੈਗੀ ਵਾਰੀ ॥੩॥ ਕੰਤੁ ਲੀਆ ਸੋਹਾਗਣੀ ਮੈ ਤੇ ਵਧਵੀ ਏਹ ॥ ਸੇ ਗੁਣ ਮੁਝੈ ਨ ਆਵਨੀ ਕੈ ਜੀ ਦੋਸੁ ਧਰੇਹ ॥੪॥ ਜਿਨੀ ਸਖੀ ਸਹੁ ਰਾਵਿਆ ਤਿਨ ਪੂਛਉਗੀ ਜਾਏ ॥ ਪਾਇ ਲਗਉ ਬੇਨਤੀ ਕਰਉ ਲੇਉਗੀ ਪੰਥੁ ਬਤਾਏ ॥੫॥ ਹੁਕਮੁ ਪਛਾਣੈ ਨਾਨਕਾ ਭਉ ਚੰਦਨੁ ਲਾਵੈ ॥ ਗੁਣ ਕਾਮਣ ਕਾਮਣਿ ਕਰੈ ਤਉ ਪਿਆਰੇ ਕਉ ਪਾਵੈ ॥੬॥ ਜੋ ਦਿਲਿ ਮਿਲਿਆ ਸੁ ਮਿਲਿ ਰਹਿਆ ਮਿਲਿਆ ਕਹੀਐ ਰੇ ਸੋਈ ॥ ਜੇ ਬਹੁਤੇਰਾ ਲੋਚੀਐ

ਬਾਤੀ ਮੇਲੁ ਨ ਹੋਈ ॥੭॥ ਧਾਤੁ ਮਿਲੈ ਫੁਨਿ ਧਾਤੁ ਕਉ ਲਿਵ ਲਿਵੈ ਕਉ ਧਾਵੈ ॥ ਗੁਰ ਪਰਸਾਦੀ ਜਾਣੀਐ ਤਉ ਅਨਭਉ ਪਾਵੈ ॥੮॥ ਪਾਨਾ ਵਾੜੀ ਹੋਇ ਘਰਿ ਖਰੁ ਸਾਰ ਨ ਜਾਣੈ ॥ ਰਸੀਆ ਹੋਵੈ ਮੁਸਕ ਕਾ ਤਬ ਫੂਲੁ ਪਛਾਣੈ ॥੯॥ ਅਪਿਉ ਪੀਵੈ ਜੋ ਨਾਨਕਾ ਭ੍ਰਮੁ ਭ੍ਰਮਿ ਸਮਾਵੈ ॥ ਸਹਜੇ ਸਹਜੇ ਮਿਲਿ ਰਹੈ ਅਮਰਾ ਪਦੁ ਪਾਵੈ ॥੧●॥੧॥

ਅੰਗ 725 ਤੋਂ ਤਿਲੰਗ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 726 ਤੱਕ ਹੈ।

ਅੰਗ 726 ਤੋਂ ਤਿਲੰਗ ਮਹਲਾ ੯ ਕਾਫੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 727 ਤੱਕ ਹੈ।

ਅੰਗ 727 ’ਤੇ ਤਿਲੰਗ ਬਾਣੀ ਭਗਤਾ ਕੀ ਕਬੀਰ ਜੀ ਦਰਜ ਹੈ।

ਰਾਗੁ ਸੂਹੀ ਮਹਲਾ ੧

ਅੰਗ 728 ਤੋਂ ਰਾਗੁ ਸੂਹੀ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 731 ਤੱਕ ਹੈ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਸੂਹੀ ਮਹਲਾ ੧ ਚਉਪਦੇ ਘਰੁ ੧

ਭਾਂਡਾ ਧੋਇ ਬੈਸਿ ਧੂਪੁ ਦੇਵਹੁ ਤਉ ਦੂਧੈ ਕਉ ਜਾਵਹੁ ॥ ਦੂਧੁ ਕਰਮ ਫੁਨਿ ਸੁਰਤਿ ਸਮਾਇਣੁ ਹੋਇ ਨਿਰਾਸ ਜਮਾਵਹੁ ॥੧॥ ਜਪਹੁ ਤ ਏਕੋ ਨਾਮਾ ॥ ਅਵਰਿ ਨਿਰਾਫਲ ਕਾਮਾ ॥੧॥ ਰਹਾਉ ॥ ਇਹੁ ਮਨੁ ਈਟੀ ਹਾਥਿ ਕਰਹੁ ਫੁਨਿ ਨੇਤ੍ਰਉ ਨੀਦ ਨ ਆਵੈ ॥ ਰਸਨਾ ਨਾਮੁ ਜਪਹੁ ਤਬ ਮਥੀਐ ਇਨ ਬਿਧਿ ਅੰਮ੍ਰਿਤੁ ਪਾਵਹੁ ॥੨॥ ਮਨੁ ਸੰਪਟੁ ਜਿਤੁ ਸਤ ਸਰਿ ਨਾਵਣੁ ਭਾਵਨ ਪਾਤੀ ਤ੍ਰਿਪਤਿ ਕਰੇ ॥ ਪੂਜਾ ਪ੍ਰਾਣ ਸੇਵਕੁ ਜੇ ਸੇਵੇ ਇਨ੍ਹ ਬਿਧਿ ਸਾਹਿਬੁ ਰਵਤੁ ਰਹੈ ॥੩॥ ਕਹਦੇ ਕਹਹਿ ਕਹੇ ਕਹਿ ਜਾਵਹਿ ਤੁਮ ਸਰਿ ਅਵਰੁ ਨ ਕੋਈ ॥ ਭਗਤਿ ਹੀਣੁ ਨਾਨਕੁ ਜਨੁ ਜੰਪੈ ਹਉ ਸਾਲਾਹੀ ਸਚਾ ਸੋਈ ॥੪॥੧॥

ਸੂਹੀ ਮਹਲਾ ੧ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਅੰਤਰਿ ਵਸੈ ਨ ਬਾਹਰਿ ਜਾਇ ॥ ਅੰਮ੍ਰਿਤੁ ਛੋਡਿ ਕਾਹੇ ਬਿਖੁ ਖਾਇ ॥੧॥ ਐਸਾ ਗਿਆਨੁ ਜਪਹੁ ਮਨ ਮੇਰੇ ॥ ਹੋਵਹੁ ਚਾਕਰ ਸਾਚੇ ਕੇਰੇ ॥੧॥ ਰਹਾਉ ॥ ਗਿਆਨੁ ਧਿਆਨੁ ਸਭੁ ਕੋਈ ਰਵੈ ॥ ਬਾਂਧਨਿ ਬਾਂਧਿਆ ਸਭੁ ਜਗੁ ਭਵੈ ॥੨॥ ਸੇਵਾ ਕਰੇ ਸੁ ਚਾਕਰੁ ਹੋਇ ॥ ਜਲਿ ਥਲਿ ਮਹੀਅਲਿ ਰਵਿ ਰਹਿਆ ਸੋਇ ॥੩॥ ਹਮ ਨਹੀ ਚੰਗੇ ਬੁਰਾ ਨਹੀ ਕੋਇ ॥ ਪ੍ਰਣਵਤਿ ਨਾਨਕੁ ਤਾਰੇ ਸੋਇ ॥੪॥੧॥੨॥

ਸੂਹੀ ਮਹਲਾ ੧ ਘਰੁ ੬ ੴ ਸਤਿਗੁਰ ਪ੍ਰਸਾਦਿ ॥

ਉਜਲੁ ਕੈਹਾ ਚਿਲਕਣਾ ਘੋਟਿਮ ਕਾਲੜੀ ਮਸੁ ॥ ਧੋਤਿਆ ਜੂਠਿ ਨ ਉਤਰੈ ਜੇ ਸਉ ਧੋਵਾ ਤਿਸੁ ॥੧॥ ਸਜਣ ਸੇਈ ਨਾਲਿ ਮੈ ਚਲਦਿਆ ਨਾਲਿ ਚਲੰਨ੍ਹਿ ॥ ਜਿਥੈ ਲੇਖਾ ਮੰਗੀਐ ਤਿਥੈ ਖੜੇ ਦਿਸੰਨਿ ॥੧॥ ਰਹਾਉ ॥ ਕੋਠੇ ਮੰਡਪ ਮਾੜੀਆ ਪਾਸਹੁ ਚਿਤਵੀਆਹਾ ॥ ਢਠੀਆ ਕੰਮਿ ਨ ਆਵਨ੍ਹੀ ਵਿਚਹੁ ਸਖਣੀਆਹਾ ॥੨॥ ਬਗਾ ਬਗੇ ਕਪੜੇ ਤੀਰਥ ਮੰਝਿ ਵਸੰਨ੍ਹਿ ॥ ਘੁਟਿ ਘੁਟਿ ਜੀਆ ਖਾਵਣੇ ਬਗੇ ਨਾ ਕਹੀਅਨ੍ਹਿ ॥੩॥ ਸਿੰਮਲ ਰੁਖੁ ਸਰੀਰੁ ਮੈ ਮੈਜਨ ਦੇਖਿ ਭੁਲੰਨ੍ਹਿ ॥ ਸੇ ਫਲ ਕੰਮਿ ਨ ਆਵਨ੍ਹੀ ਤੇ ਗੁਣ ਮੈ ਤਨਿ ਹੰਨ੍ਹਿ ॥੪॥ ਅੰਧੁਲੈ ਭਾਰੁ ਉਠਾਇਆ ਡੂਗਰ ਵਾਟ ਬਹੁਤੁ ॥ ਅਖੀ ਲੋੜੀ ਨਾ ਲਹਾ ਹਉ ਚੜਿ ਲੰਘਾ ਕਿਤੁ ॥੫॥ ਚਾਕਰੀਆ ਚੰਗਿਆਈਆ ਅਵਰ ਸਿਆਣਪ ਕਿਤੁ ॥ ਨਾਨਕ ਨਾਮੁ ਸਮਾਲਿ ਤੂੰ ਬਧਾ ਛੁਟਹਿ ਜਿਤੁ ॥੬॥੧॥੩॥ ਸੂਹੀ ਮਹਲਾ ੧ ॥ ਜਪ ਤਪ ਕਾ ਬੰਧੁ ਬੇੜੁਲਾ ਜਿਤੁ ਲੰਘਹਿ ਵਹੇਲਾ ॥ ਨਾ ਸਰਵਰੁ ਨਾ ਊਛਲੈ ਐਸਾ ਪੰਥੁ ਸੁਹੇਲਾ ॥੧॥ ਤੇਰਾ ਏਕੋ ਨਾਮੁ ਮੰਜੀਠੜਾ ਰਤਾ ਮੇਰਾ ਚੋਲਾ ਸਦ ਰੰਗ ਢੋਲਾ ॥੧॥ ਰਹਾਉ ॥ ਸਾਜਨ ਚਲੇ ਪਿਆਰਿਆ ਕਿਉ ਮੇਲਾ ਹੋਈ ॥ ਜੇ ਗੁਣ ਹੋਵਹਿ ਗੰਠੜੀਐ ਮੇਲੇਗਾ ਸੋਈ ॥੨॥ ਮਿਲਿਆ ਹੋਇ ਨ ਵੀਛੁੜੈ ਜੇ ਮਿਲਿਆ ਹੋਈ ॥ ਆਵਾ ਗਉਣੁ ਨਿਵਾਰਿਆ ਹੈ ਸਾਚਾ ਸੋਈ ॥੩॥ ਹਉਮੈ ਮਾਰਿ ਨਿਵਾਰਿਆ ਸੀਤਾ ਹੈ ਚੋਲਾ ॥ ਗੁਰ ਬਚਨੀ ਫਲੁ ਪਾਇਆ ਸਹ ਕੇ ਅੰਮ੍ਰਿਤ ਬੋਲਾ ॥੪॥ ਨਾਨਕੁ ਕਹੈ ਸਹੇਲੀਹੋ ਸਹੁ ਖਰਾ ਪਿਆਰਾ ॥ ਹਮ ਸਹ ਕੇਰੀਆ ਦਾਸੀਆ ਸਾਚਾ ਖਸਮੁ ਹਮਾਰਾ ॥੫॥੨॥੪॥ ਸੂਹੀ ਮਹਲਾ ੧ ॥ ਜਿਨ ਕਉ ਭਾਂਡੈ ਭਾਉ ਤਿਨਾ ਸਵਾਰਸੀ ॥ ਸੂਖੀ ਕਰੈ ਪਸਾਉ ਦੂਖ ਵਿਸਾਰਸੀ ॥ ਸਹਸਾ ਮੂਲੇ ਨਾਹਿ ਸਰਪਰ ਤਾਰਸੀ ॥੧॥ ਤਿਨ੍ਹਾ ਮਿਲਿਆ ਗੁਰੁ ਆਇ ਜਿਨ ਕਉ ਲੀਖਿਆ ॥ ਅੰਮ੍ਰਿਤੁ ਹਰਿ ਕਾ ਨਾਉ ਦੇਵੈ ਦੀਖਿਆ ॥ ਚਾਲਹਿ ਸਤਿਗੁਰ ਭਾਇ ਭਵਹਿ ਨ ਭੀਖਿਆ ॥੨॥ ਜਾ ਕਉ ਮਹਲੁ ਹਜੂਰਿ ਦੂਜੇ ਨਿਵੈ ਕਿਸੁ ॥ ਦਰਿ ਦਰਵਾਣੀ ਨਾਹਿ ਮੂਲੇ ਪੁਛ ਤਿਸੁ ॥ ਛੁਟੈ ਤਾ ਕੈ ਬੋਲਿ ਸਾਹਿਬ ਨਦਰਿ ਜਿਸੁ ॥੩॥ ਘਲੇ ਆਣੇ ਆਪਿ ਜਿਸੁ ਨਾਹੀ ਦੂਜਾ ਮਤੈ ਕੋਇ ॥ ਢਾਹਿ ਉਸਾਰੇ ਸਾਜਿ ਜਾਣੈ ਸਭ ਸੋਇ ॥ ਨਾਉ ਨਾਨਕ ਬਖਸੀਸ ਨਦਰੀ ਕਰਮੁ ਹੋਇ ॥ ੪॥੩॥੫॥ ਸੂਹੀ ਮਹਲਾ ੧ ॥ ਭਾਂਡਾ ਹਛਾ ਸੋਇ ਜੋ ਤਿਸੁ

ਭਾਵਸੀ ॥ ਭਾਂਡਾ ਅਤਿ ਮਲੀਣੁ ਧੋਤਾ ਹਛਾ ਨ ਹੋਇਸੀ ॥ ਗੁਰੂ ਦੁਆਰੈ ਹੋਇ ਸੋਝੀ ਪਾਇਸੀ ॥ ਏਤੁ ਦੁਆਰੈ ਧੋਇ ਹਛਾ ਹੋਇਸੀ ॥ ਮੈਲੇ ਹਛੇ ਕਾ ਵੀਚਾਰੁ ਆਪਿ ਵਰਤਾਇਸੀ ॥ ਮਤੁ ਕੋ ਜਾਣੈ ਜਾਇ ਅਗੈ ਪਾਇਸੀ ॥ ਜੇਹੇ ਕਰਮ ਕਮਾਇ ਤੇਹਾ ਹੋਇਸੀ ॥ ਅੰਮ੍ਰਿਤੁ ਹਰਿ ਕਾ ਨਾਉ ਆਪਿ ਵਰਤਾਇਸੀ ॥ ਚਲਿਆ ਪਤਿ ਸਿਉ ਜਨਮੁ ਸਵਾਰਿ ਵਾਜਾ ਵਾਇਸੀ ॥ ਮਾਣਸੁ ਕਿਆ ਵੇਚਾਰਾ ਤਿਹੁ ਲੋਕ ਸੁਣਾਇਸੀ ॥ ਨਾਨਕ ਆਪਿ ਨਿਹਾਲ ਸਭਿ ਕੁਲ ਤਾਰਸੀ ॥੧॥੪॥੬॥ ਸੂਹੀ ਮਹਲਾ ੧ ॥ ਜੋਗੀ ਹੋਵੈ ਜੋਗਵੈ ਭੋਗੀ ਹੋਵੈ ਖਾਇ ॥ ਤਪੀਆ ਹੋਵੈ ਤਪੁ ਕਰੇ ਤੀਰਥਿ ਮਲਿ ਮਲਿ ਨਾਇ ॥੧॥ ਤੇਰਾ ਸਦੜਾ ਸੁਣੀਜੈ ਭਾਈ ਜੇ ਕੋ ਬਹੈ ਅਲਾਇ ॥੧॥ ਰਹਾਉ ॥ ਜੈਸਾ ਬੀਜੈ ਸੋ ਲੁਣੇ ਜੋ ਖਟੇ ਸੁੋ ਖਾਇ ॥ ਅਗੈ ਪੁਛ ਨ ਹੋਵਈ ਜੇ ਸਣੁ ਨੀਸਾਣੈ ਜਾਇ ॥੨॥ ਤੈਸੋ ਜੈਸਾ ਕਾਢੀਐ ਜੈਸੀ ਕਾਰ ਕਮਾਇ ॥ ਜੋ ਦਮੁ ਚਿਤਿ ਨ ਆਵਈ ਸੋ ਦਮੁ ਬਿਰਥਾ ਜਾਇ ॥੩॥ ਇਹੁ ਤਨੁ ਵੇਚੀ ਬੈ ਕਰੀ ਜੇ ਕੋ ਲਏ ਵਿਕਾਇ ॥ ਨਾਨਕ ਕੰਮਿ ਨ ਆਵਈ ਜਿਤੁ ਤਨਿ ਨਾਹੀ ਸਚਾ ਨਾਉ ॥੪॥੫॥੭॥

ਸੂਹੀ ਮਹਲਾ ੧ ਘਰੁ ੭

ੴ ਸਤਿਗੁਰ ਪ੍ਰਸਾਦਿ ॥ ਜੋਗੁ ਨ ਖਿੰਥਾ ਜੋਗੁ ਨ ਡੰਡੈ ਜੋਗੁ ਨ ਭਸਮ ਚੜਾਈਐ ॥ ਜੋਗੁ ਨ ਮੁੰਦੀ ਮੂੰਡਿ ਮੁਡਾਇਐ ਜੋਗੁ ਨ ਸਿੰਙੀ ਵਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ ॥੧॥ ਗਲੀ ਜੋਗੁ ਨ ਹੋਈ ॥ ਏਕ ਦ੍ਰਿਸਟਿ ਕਰਿ ਸਮਸਰਿ ਜਾਣੈ ਜੋਗੀ ਕਹੀਐ ਸੋਈ ॥੧॥ ਰਹਾਉ ॥ ਜੋਗੁ ਨ ਬਾਹਰਿ ਮੜੀ ਮਸਾਣੀ ਜੋਗੁ ਨ ਤਾੜੀ ਲਾਈਐ ॥ ਜੋਗੁ ਨ ਦੇਸਿ ਦਿਸੰਤਰਿ ਭਵਿਐ ਜੋਗੁ ਨ ਤੀਰਥਿ ਨਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ ॥੨॥ ਸਤਿਗੁਰੁ ਭੇਟੈ ਤਾ ਸਹਸਾ ਤੂਟੈ ਧਾਵਤੁ ਵਰਜਿ ਰਹਾਈਐ ॥ ਨਿਝਰੁ ਝਰੈ ਸਹਜ ਧੁਨਿ ਲਾਗੈ ਘਰ ਹੀ ਪਰਚਾ ਪਾਈਐ ॥ ਅੰਜਨ ਮਾਹਿ ਨਿਰੰਜਨਿ

ਰਹੀਐ ਜੋਗ ਜੁਗਤਿ ਇਵ ਪਾਈਐ ॥੩॥ ਨਾਨਕ ਜੀਵਤਿਆ ਮਰਿ ਰਹੀਐ ਐਸਾ ਜੋਗੁ ਕਮਾਈਐ ॥ ਵਾਜੇ ਬਾਝਹੁ ਸਿਙੀ ਵਾਜੈ ਤਉ ਨਿਰਭਉ ਪਦੁ ਪਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਤਉ ਪਾਈਐ ॥੪॥੧॥੮॥ ਸੂਹੀ ਮਹਲਾ ੧ ॥ ਕਉਣ ਤਰਾਜੀ ਕਵਣੁ ਤੁਲਾ ਤੇਰਾ ਕਵਣੁ ਸਰਾਫੁ ਬੁਲਾਵਾ ॥ ਕਉਣੁ ਗੁਰੂ ਕੈ ਪਹਿ ਦੀਖਿਆ ਲੇਵਾ ਕੈ ਪਹਿ ਮੁਲੁ ਕਰਾਵਾ ॥੧॥ ਮੇਰੇ ਲਾਲ ਜੀਉ ਤੇਰਾ ਅੰਤੁ ਨ ਜਾਣਾ ॥ ਤੂੰ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਤੂੰ ਆਪੇ ਸਰਬ ਸਮਾਣਾ ॥੧॥ ਰਹਾਉ ॥ ਮਨੁ ਤਾਰਾਜੀ ਚਿਤੁ ਤੁਲਾ ਤੇਰੀ ਸੇਵ ਸਰਾਫੁ ਕਮਾਵਾ ॥ ਘਟ ਹੀ ਭੀਤਰਿ ਸੋ ਸਹੁ ਤੋਲੀ ਇਨ ਬਿਧਿ ਚਿਤੁ ਰਹਾਵਾ ॥੨॥ ਆਪੇ ਕੰਡਾ ਤੋਲੁ ਤਰਾਜੀ ਆਪੇ ਤੋਲਣਹਾਰਾ ॥ ਆਪੇ ਦੇਖੈ ਆਪੇ ਬੂਝੈ ਆਪੇ ਹੈ ਵਣਜਾਰਾ ॥੩॥ ਅੰਧੁਲਾ ਨੀਚ ਜਾਤਿ ਪਰਦੇਸੀ ਖਿਨੁ ਆਵੈ ਤਿਲੁ ਜਾਵੈ ॥ ਤਾ ਕੀ ਸੰਗਤਿ ਨਾਨਕੁ ਰਹਦਾ ਕਿਉ ਕਰਿ ਮੂੜਾ ਪਾਵੈ ॥੪॥੨॥੯॥

ਅੰਗ 731 ਤੋਂ ਰਾਗੁ ਸੂਹੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 736 ਤੱਕ ਹੈ।

ਅੰਗ 736 ਤੋਂ ਰਾਗੁ ਸੂਹੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 750 ਤੱਕ ਹੈ।

ਰਾਗੁ ਸੂਹੀ ਅਸਟਪਦੀਆ

ਅੰਗ 750 ਤੋਂ ਰਾਗੁ ਸੂਹੀ ਅਸਟਪਦੀਆ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 553 ਤੱਕ ਹੈ।

ਰਾਗੁ ਸੂਹੀ ਅਸਟਪਦੀਆ ਮਹਲਾ ੧ ਘਰੁ ੧

੧ੴ ਸਤਿਗੁਰ ਪ੍ਰਸਾਦਿ ॥

ਸਭਿ ਅਵਗਣ ਮੈ ਗੁਣੁ ਨਹੀ ਕੋਈ ॥ ਕਿਉ ਕਰਿ ਕੰਤ ਮਿਲਾਵਾ ਹੋਈ ॥੧॥ ਨਾ ਮੈ ਰੂਪੁ ਨ ਬੰਕੇ ਨੈਣਾ ॥ ਨਾ ਕੁਲ ਢੰਗੁ ਨ ਮੀਠੇ ਬੈਣਾ ॥੧॥ ਰਹਾਉ ॥ ਸਹਜਿ ਸੀਗਾਰ ਕਾਮਣਿ ਕਰਿ ਆਵੈ ॥ ਤਾ ਸੋਹਾਗਣਿ ਜਾ ਕੰਤੈ ਭਾਵੈ ॥੨॥ ਨਾ ਤਿਸੁ ਰੂਪੁ ਨ ਰੇਖਿਆ ਕਾਈ ॥ ਅੰਤਿ ਨ ਸਾਹਿਬੁ ਸਿਮਰਿਆ ਜਾਈ ॥੩॥ ਸੁਰਤਿ ਮਤਿ ਨਾਹੀ ਚਤੁਰਾਈ ॥ ਕਰਿ ਕਿਰਪਾ ਪ੍ਰਭ ਲਾਵਹੁ ਪਾਈ ॥੪॥ ਖਰੀ ਸਿਆਣੀ ਕੰਤ ਨ ਭਾਣੀ ॥ ਮਾਇਆ ਲਾਗੀ ਭਰਮਿ ਭੁਲਾਣੀ ॥੫॥ ਹਉਮੈ ਜਾਈ ਤਾ ਕੰਤ ਸਮਾਈ ॥ ਤਉ ਕਾਮਣਿ ਪਿਆਰੇ ਨਵ ਨਿਧਿ ਪਾਈ ॥੬॥ ਅਨਿਕ ਜਨਮ ਬਿਛੁਰਤ ਦੁਖੁ ਪਾਇਆ ॥ ਕਰੁ ਗਹਿ ਲੇਹੁ ਪ੍ਰੀਤਮ ਪ੍ਰਭ ਰਾਇਆ ॥੭॥ ਭਣਤਿ ਨਾਨਕੁ ਸਹੁ ਹੈ ਭੀ ਹੋਸੀ ॥ ਜੈ ਭਾਵੈ ਪਿਆਰਾ ਤੈ ਰਾਵੇਸੀ ॥੮॥੧॥

ਸੂਹੀ ਮਹਲਾ ੧ ਘਰੁ ੯ ੧ੴ ਸਤਿਗੁਰ ਪ੍ਰਸਾਦਿ ॥

ਕਚਾ ਰੰਗੁ ਕਸੁੰਭ ਕਾ ਥੋੜੜਿਆ ਦਿਨ ਚਾਰਿ ਜੀਉ ॥ ਵਿਣੁ ਨਾਵੈ ਭ੍ਰਮਿ ਭੁਲੀਆ ਠਗਿ ਮੁਠੀ ਕੂੜਿਆਰਿ ਜੀਉ ॥ ਸਚੇ ਸੇਤੀ ਰਤਿਆ ਜਨਮੁ ਨ ਦੂਜੀ ਵਾਰ ਜੀਉ ॥੧॥ ਰੰਗੇ ਕਾ ਕਿਆ ਰੰਗੀਐ ਜੋ ਰਤੇ ਰੰਗੁ ਲਾਇ ਜੀਉ ॥ ਰੰਗਣ ਵਾਲਾ ਸੇਵੀਐ ਸਚੇ ਸਿਉ ਚਿਤੁ ਲਾਇ ਜੀਉ ॥੧॥ ਰਹਾਉ ॥ ਚਾਰੇ ਕੁੰਡਾ ਜੇ ਭਵਹਿ ਬਿਨੁ ਭਾਗਾ ਧਨੁ ਨਾਹਿ ਜੀਉ ॥ ਅਵਗਣਿ ਮੁਠੀ ਜੇ ਫਿਰਹਿ ਬਧਿਕ ਥਾਇ ਨ ਪਾਹਿ ਜੀਉ ॥ ਗੁਰਿ ਰਾਖੇ ਸੇ ਉਬਰੇ ਸਬਦਿ ਰਤੇ ਮਨ ਮਾਹਿ ਜੀਉ ॥੨॥ ਚਿਟੇ ਜਿਨ ਕੇ ਕਪੜੇ ਮੈਲੇ ਚਿਤ ਕਠੋਰ ਜੀਉ

॥ ਤਿਨ ਮੁਖਿ ਨਾਮੁ ਨ ਊਪਜੈ ਦੂਜੈ ਵਿਆਪੇ ਚੋਰ ਜੀਉ ॥ ਮੂਲੁ ਨ ਬੂਝਹਿ ਆਪਣਾ ਸੇ ਪਸੂਆ ਸੇ ਢੋਰ ਜੀਉ ॥੩॥ ਨਿਤ ਨਿਤ ਖੁਸੀਆ ਮਨੁ ਕਰੇ ਨਿਤ ਨਿਤ ਮੰਗੈ ਸੁਖ ਜੀਉ ॥ ਕਰਤਾ ਚਿਤਿ ਨ ਆਵਈ ਫਿਰਿ ਫਿਰਿ ਲਗਹਿ ਦੁਖ ਜੀਉ ॥ ਸੁਖ ਦੁਖ ਦਾਤਾ ਮਨਿ ਵਸੈ ਤਿਤੁ ਤਨਿ ਕੈਸੀ ਭੁਖ ਜੀਉ ॥੪॥ ਬਾਕੀ ਵਾਲਾ ਤਲਬੀਐ ਸਿਰਿ ਮਾਰੇ ਜੰਦਾਰੁ ਜੀਉ ॥ ਲੇਖਾ ਮੰਗੈ ਦੇਵਣਾ ਪੁਛੈ ਕਰਿ ਬੀਚਾਰੁ ਜੀਉ ॥ ਸਚੇ ਕੀ ਲਿਵ ਉਬਰੈ ਬਖਸੇ ਬਖਸਣਹਾਰੁ ਜੀਉ ॥੫॥ ਅਨ ਕੋ ਕੀਜੈ ਮਿਤੜਾ ਖਾਕੁ ਰਲੈ ਮਰਿ ਜਾਇ ਜੀਉ ॥ ਬਹੁ ਰੰਗ ਦੇਖਿ ਭੁਲਾਇਆ ਭੁਲਿ ਭੁਲਿ ਆਵੈ ਜਾਇ ਜੀਉ ॥ ਨਦਰਿ ਪ੍ਰਭੂ ਤੇ ਛੁਟੀਐ ਨਦਰੀ ਮੇਲਿ ਮਿਲਾਇ ਜੀਉ ॥੬॥ ਗਾਫਲ ਗਿਆਨ ਵਿਹੂਣਿਆ ਗੁਰ ਬਿਨੁ ਗਿਆਨੁ ਨ ਭਾਲਿ ਜੀਉ ॥ ਖਿੰਚੋਤਾਣਿ ਵਿਗੁਚੀਐ ਬੁਰਾ ਭਲਾ ਦੁਇ ਨਾਲਿ ਜੀਉ ॥ ਬਿਨੁ ਸਬਦੈ ਭੈ ਰਤਿਆ ਸਭ ਜੋਹੀ ਜਮਕਾਲਿ ਜੀਉ ॥੭॥ ਜਿਨਿ ਕਰਿ ਕਾਰਣੁ ਧਾਰਿਆ ਸਭਸੈ ਦੇਇ ਆਧਾਰੁ ਜੀਉ ॥ ਸੋ ਕਿਉ ਮਨਹੁ ਵਿਸਾਰੀਐ ਸਦਾ ਸਦਾ ਦਾਤਾਰੁ ਜੀਉ ॥ ਨਾਨਕ ਨਾਮੁ ਨ ਵੀਸਰੈ ਨਿਧਾਰਾ ਆਧਾਰੁ ਜੀਉ ॥੮॥੧॥੨॥

ਸੂਹੀ ਮਹਲਾ ੧ ਕਾਫੀ ਘਰੁ ੧੦ ੴ ਸਤਿਗੁਰ ਪ੍ਰਸਾਦਿ ॥

ਮਾਣਸ ਜਨਮੁ ਦੁਲੰਭੁ ਗੁਰਮੁਖਿ ਪਾਇਆ ॥ ਮਨੁ ਤਨੁ ਹੋਇ ਚੁਲੰਭੁ ਜੇ ਸਤਿਗੁਰ ਭਾਇਆ ॥੧॥ ਚਲੈ ਜਨਮੁ ਸਵਾਰਿ ਵਖਰੁ ਸਚੁ ਲੈ ॥ ਪਤਿ ਪਾਏ ਦਰਬਾਰਿ ਸਤਿਗੁਰ ਸਬਦਿ ਭੈ ॥੧॥ ਰਹਾਉ ॥ ਮਨਿ ਤਨਿ ਸਚੁ ਸਲਾਹਿ ਸਾਚੇ ਮਨਿ ਭਾਇਆ ॥ ਲਾਲਿ ਰਤਾ ਮਨੁ ਮਾਨਿਆ ਗੁਰੁ ਪੂਰਾ ਪਾਇਆ ॥੨॥ ਹਉ ਜੀਵਾ ਗੁਣ ਸਾਰਿ ਅੰਤਰਿ ਤੂ ਵਸੈ ॥ ਤੂੰ ਵਸਹਿ ਮਨ ਮਾਹਿ ਸਹਜੇ ਰਸਿ ਰਸੈ ॥੩॥ ਮੂਰਖ ਮਨ ਸਮਝਾਇ ਆਖਉ ਕੇਤੜਾ ॥ ਗੁਰਮੁਖਿ ਹਰਿ ਗੁਣ ਗਾਇ ਰੰਗਿ ਰੰਗੇਤੜਾ ॥੪॥ ਨਿਤ ਨਿਤ ਰਿਦੈ ਸਮਾਲਿ ਪ੍ਰੀਤਮੁ ਆਪਣਾ ॥ ਜੇ ਚਲਹਿ ਗੁਣ ਨਾਲਿ ਨਾਹੀ ਦੁਖੁ ਸੰਤਾਪਣਾ ॥੫॥ ਮਨਮੁਖ ਭਰਮਿ ਭੁਲਾਣਾ ਨਾ ਤਿਸੁ ਰੰਗੁ ਹੈ ॥ ਮਰਸੀ ਹੋਇ ਵਿਡਾਣਾ

ਮਨਿ ਤਨਿ ਭੰਗੁ ਹੈ ॥੬॥ ਗੁਰ ਕੀ ਕਾਰ ਕਮਾਇ ਲਾਹਾ ਘਰਿ ਆਣਿਆ ॥ ਗੁਰਬਾਣੀ ਨਿਰਬਾਣੁ ਸਬਦਿ ਪਛਾਣਿਆ ॥੭॥ ਇਕ ਨਾਨਕ ਕੀ ਅਰਦਾਸਿ ਜੇ ਤੁਧੁ ਭਾਵਸੀ ॥ ਮੈ ਦੀਜੈ ਨਾਮ ਨਿਵਾਸੁ ਹਰਿ ਗੁਣ ਗਾਵਸੀ ॥੮॥੧॥੩॥ ਸੂਹੀ ਮਹਲਾ ੧ ॥ ਜਿਉ ਆਰਣਿ ਲੋਹਾ ਪਾਇ ਭੰਨਿ ਘੜਾਈਐ ॥ ਤਿਉ ਸਾਕਤੁ ਜੋਨੀ ਪਾਇ ਭਵੈ ਭਵਾਈਐ ॥੧ ॥ ਬਿਨੁ ਬੂਝੇ ਸਭੁ ਦੁਖੁ ਦੁਖੁ ਕਮਾਵਣਾ ॥ ਹਉਮੈ ਆਵੈ ਜਾਇ ਭਰਮਿ ਭੁਲਾਵਣਾ ॥੧॥ ਰਹਾਉ ॥ ਤੂੰ ਗੁਰਮੁਖਿ ਰਖਣਹਾਰੁ ਹਰਿ ਨਾਮੁ ਧਿਆਈਐ ॥ ਮੇਲਹਿ ਤੁਝਹਿ ਰਜਾਇ ਸਬਦੁ ਕਮਾਈਐ ॥੨॥ ਤੂੰ ਕਰਿ ਕਰਿ ਵੇਖਹਿ ਆਪਿ ਦੇਹਿ ਸੁ ਪਾਈਐ ॥ ਤੂ ਦੇਖਹਿ ਥਾਪਿ ਉਥਾਪਿ ਦਰਿ ਬੀਨਾਈਐ ॥੩॥ ਦੇਹੀ ਹੋਵਗਿ ਖਾਕੁ ਪਵਣੁ ਉਡਾਈਐ ॥ ਇਹੁ ਕਿਥੈ ਘਰੁ ਅਉਤਾਕੁ ਮਹਲੁ ਨ ਪਾਈਐ ॥੪॥ ਦਿਹੁ ਦੀਵੀ ਅੰਧ ਘੋਰੁ ਘਬੁ ਮੁਹਾਈਐ ॥ ਗਰਬਿ ਮੁਸੈ ਘਰੁ ਚੋਰੁ ਕਿਸੁ ਰੂਆਈਐ ॥੫॥ ਗੁਰਮੁਖਿ ਚੋਰੁ ਨ ਲਾਗਿ ਹਰਿ ਨਾਮਿ ਜਗਾਈਐ ॥ ਸਬਦਿ ਨਿਵਾਰੀ ਆਗਿ ਜੋਤਿ ਦੀਪਾਈਐ ॥੬॥ ਲਾਲੁ ਰਤਨੁ ਹਰਿ ਨਾਮੁ ਗੁਰਿ ਸੁਰਤਿ ਬੁਝਾਈਐ ॥ ਸਦਾ ਰਹੈ ਨਿਹਕਾਮੁ ਜੇ ਗੁਰਮਤਿ ਪਾਈਐ ॥੭॥ ਰਾਤਿ ਦਿਹੈ ਹਰਿ ਨਾਉ ਮੰਨਿ ਵਸਾਈਐ ॥ ਨਾਨਕ ਮੇਲਿ ਮਿਲਾਇ ਜੇ ਤੁਧੁ ਭਾਈਐ ॥੮॥੨॥੪॥ ਸੂਹੀ ਮਹਲਾ ੧ ॥ ਮਨਹੁ ਨ ਨਾਮੁ ਵਿਸਾਰਿ ਅਹਿਨਿਸਿ ਧਿਆਈਐ ॥ ਜਿਉ ਰਾਖਹਿ ਕਿਰਪਾ ਧਾਰਿ ਤਿਵੈ ਸੁਖੁ ਪਾਈਐ ॥੧॥ ਮੈ ਅੰਧੁਲੇ ਹਰਿ ਨਾਮੁ ਲਕੁਟੀ ਟੋਹਣੀ ॥ ਰਹਉ ਸਾਹਿਬ ਕੀ ਟੇਕ ਨ ਮੋਹੈ ਮੋਹਣੀ ॥੧॥ ਰਹਾਉ ॥ ਜਹ ਦੇਖਉ ਤਹ ਨਾਲਿ ਗੁਰਿ ਦੇਖਾਲਿਆ ॥ ਅੰਤਰਿ ਬਾਹਰਿ ਭਾਲਿ ਸਬਦਿ ਨਿਹਾਲਿਆ ॥੨॥ ਸੇਵੀ ਸਤਿਗੁਰ ਭਾਇ ਨਾਮੁ ਨਿਰੰਜਨਾ ॥ ਤੁਧੁ ਭਾਵੈ ਤਿਵੈ ਰਜਾਇ ਭਰਮੁ ਭਉ ਭੰਜਨਾ ॥੩॥ ਜਨਮਤ ਹੀ ਦੁਖੁ ਲਾਗੈ ਮਰਣਾ ਆਇ ਕੈ ॥ ਜਨਮੁ ਮਰਣੁ ਪਰਵਾਣੁ ਹਰਿ ਗੁਣ ਗਾਇ ਕੈ ॥੪॥ ਹਉ ਨਾਹੀ ਤੂ ਹੋਵਹਿ ਤੁਧ ਹੀ ਸਾਜਿਆ ॥ ਆਪੇ ਥਾਪਿ ਉਥਾਪਿ ਸਬਦਿ ਨਿਵਾਜਿਆ ॥੫॥ ਦੇਹੀ ਭਸਮ ਰੁਲਾਇ ਨ ਜਾਪੀ ਕਹ ਗਇਆ ॥ ਆਪੇ ਰਹਿਆ ਸਮਾਇ ਸੋ ਵਿਸਮਾਦੁ ਭਇਆ ॥੬॥ ਤੂੰ ਨਾਹੀ ਪ੍ਰਭ ਦੂਰਿ ਜਾਣਹਿ ਸਭ ਤੂ ਹੈ ॥ ਗੁਰਮੁਖਿ ਵੇਖਿ ਹਦੂਰਿ ਅੰਤਰਿ ਭੀ ਤੂ ਹੈ ॥੭॥ ਮੈ ਦੀਜੈ ਨਾਮ ਨਿਵਾਸੁ ਅੰਤਰਿ ਸਾਂਤਿ ਹੋਇ ॥ ਗੁਣ ਗਾਵੈ ਨਾਨਕ ਦਾਸੁ ਸਤਿਗੁਰੁ ਮਤਿ ਦੇਇ ॥੮॥੩॥੫॥

ਅੰਗ 753 ਤੋਂ ਰਾਗੁ ਸੂਹੀ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 757 ਤੱਕ ਹੈ।

ਅੰਗ 757 ਤੋਂ ਰਾਗੁ ਸੂਹੀ ਅਸਟਪਦੀਆ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 759 ਤੱਕ ਹੈ।

ਅੰਗ 759 ਤੋਂ ਰਾਗੁ ਸੂਹੀ ਅਸਟਪਦੀਆ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ 762 ਤੱਕ ਹੈ।

ਰਾਗੁ ਸੂਹੀ ਅਸਟਪਦੀਆ

ਅੰਗ 762 ਤੋਂ ਰਾਗੁ ਸੂਹੀ ਮਹਲਾ ੧ ਕੁਚਜੀ ਬਾਣੀ ਸ਼ੁਰੂ ਹੋ ਜਾਂਦੀ ਹੈ, ਅੰਗ 763 ਤੱਕ ਹੈ।

ਰਾਗੁ ਸੂਹੀ ਮਹਲਾ ੧ ਕੁਚਜੀ ੴ ਸਤਿਗੁਰ ਪ੍ਰਸਾਦਿ ॥

ਮੰਞੁ ਕੁਚਜੀ ਅੰਮਾਵਣਿ ਡੋਸੜੇ ਹਉ ਕਿਉ ਸਹੁ ਰਾਵਣਿ ਜਾਉ ਜੀਉ ॥ ਇਕ ਦੂ ਇਕਿ ਚੜੰਦੀਆ ਕਉਣੁ ਜਾਣੈ ਮੇਰਾ ਨਾਉ ਜੀਉ ॥ ਜਿਨ੍ਹੀ ਸਖੀ ਸਹੁ ਰਾਵਿਆ ਸੇ ਅੰਬੀ ਛਾਵੜੀਏਹਿ ਜੀਉ ॥ ਸੇ ਗੁਣ ਮੰਞੁ ਨ ਆਵਨੀ ਹਉ ਕੈ ਜੀ ਦੋਸ ਧਰੇਉ ਜੀਉ ॥ ਕਿਆ ਗੁਣ ਤੇਰੇ ਵਿਥਰਾ ਹਉ ਕਿਆ ਕਿਆ ਘਿਨਾ ਤੇਰਾ ਨਾਉ ਜੀਉ ॥ ਇਕਤੁ ਟੋਲਿ ਨ ਅੰਬੜਾ ਹਉ ਸਦ ਕੁਰਬਾਣੈ ਤੇਰੈ ਜਾਉ ਜੀਉ ॥

ਸੁਇਨਾ ਰੁਪਾ ਰੰਗੁਲਾ ਮੋਤੀ ਤੈ ਮਾਣਿਕੁ ਜੀਉ ॥ ਸੇ ਵਸਤੂ ਸਹਿ ਦਿਤੀਆ ਮੈ ਤਿਨ੍ ਸਿਉ ਲਾਇਆ ਚਿਤੁ ਜੀਉ ॥ ਮੰਦਰ ਮਿਟੀ ਸੰਦੜੇ ਪਥਰ ਕੀਤੇ ਰਾਸਿ ਜੀਉ ॥ ਹਉ ਏਨੀ ਟੋਲੀ ਭੁਲੀਅਸੁ ਤਿਸੁ ਕੰਤ ਨ ਬੈਠੀ ਪਾਸਿ ਜੀਉ ॥ ਅੰਬਰਿ ਕੂੰਜਾ ਕੁਰਲੀਆ ਬਗ ਬਹਿਠੇ ਆਇ ਜੀਉ ॥ ਸਾ ਧਨ ਚਲੀ ਸਾਹੁਰੈ ਕਿਆ ਮੁਹੁ ਦੇਸੀ ਅਗੈ ਜਾਇ ਜੀਉ ॥ ਸੁਤੀ ਸੁਤੀ ਝਾਲੁ ਥੀਆ ਭੁਲੀ ਵਾਟੜੀਆਸੁ ਜੀਉ ॥ ਤੈ ਸਹ ਨਾਲਹੁ ਮੁਤੀਅਸੁ ਦੁਖਾ ਕੂੰ ਧਰੀਆਸੁ ਜੀਉ ॥ ਤੁਧੁ ਗੁਣ ਮੈ ਸਭਿ ਅਵਗਣਾ ਇਕ ਨਾਨਕ ਕੀ ਅਰਦਾਸਿ ਜੀਉ ॥ ਸਭਿ ਰਾਤੀ ਸੋਹਾਗਣੀ ਮੈ ਡੋਹਾਗਣਿ ਕਾਈ ਰਾਤਿ ਜੀਉ ॥੧॥ ਸੂਹੀ ਮਹਲਾ ੧ ਸੁਚਜੀ ॥ ਜਾ ਤੂ ਤਾ ਮੈ ਸਭੁ ਕੋ ਤੂ ਸਾਹਿਬੁ ਮੇਰੀ ਰਾਸਿ ਜੀਉ ॥ ਤੁਧੁ ਅੰਤਰਿ ਹਉ ਸੁਖਿ ਵਸਾ ਤੂੰ ਅੰਤਰਿ ਸਾਬਾਸਿ ਜੀਉ ॥ ਭਾਣੈ ਤਖਤਿ ਵਡਾਈਆ ਭਾਣੈ ਭੀਖ ਉਦਾਸਿ ਜੀਉ ॥ ਭਾਣੈ ਥਲ ਸਿਰਿ ਸਰੁ ਵਹੈ ਕਮਲੁ ਫੁਲੈ ਆਕਾਸਿ ਜੀਉ ॥ ਭਾਣੈ ਭਵਜਲੁ ਲੰਘੀਐ ਭਾਣੈ ਮੰਝਿ ਭਰੀਆਸਿ ਜੀਉ ॥ ਭਾਣੈ ਸੋ ਸਹੁ ਰੰਗੁਲਾ ਸਿਫਤਿ ਰਤਾ ਗੁਣਤਾਸਿ ਜੀਉ ॥ ਭਾਣੈ ਸਹੁ ਭੀਹਾਵਲਾ ਹਉ ਆਵਣਿ ਜਾਣਿ ਮੁਈਆਸਿ ਜੀਉ ॥ ਤੂ ਸਹੁ ਅਗਮੁ ਅਤੋਲਵਾ ਹਉ ਕਹਿ ਕਹਿ ਢਹਿ ਪਈਆਸਿ ਜੀਉ ॥ ਕਿਆ ਮਾਗਉ ਕਿਆ ਕਹਿ ਸੁਣੀ ਮੈ ਦਰਸਨ ਭੂਖ ਪਿਆਸਿ ਜੀਉ ॥ ਗੁਰ ਸਬਦੀ ਸਹੁ ਪਾਇਆ ਸਚੁ ਨਾਨਕ ਕੀ ਅਰਦਾਸਿ ਜੀਉ ॥੨॥

ਅੰਗ 763 'ਤੇ ਸੂਹੀ ਮਹਲਾ ੫ ਗੁਣਵੰਤੀ ਬਾਣੀ ਹੈ।

ਰਾਗੁ ਸੂਹੀ ਛੰਤ ਮਹਲਾ ੧

ਅੰਗ 763 ਤੋਂ ਰਾਗੁ ਸੂਹੀ ਛੰਤ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 767 ਤੱਕ ਹੈ।

ਰਾਗੁ ਸੂਹੀ ਛੰਤ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਭਰਿ ਜੋਬਨਿ ਮੈ ਮਤ ਪੇਈਅੜੈ ਘਰਿ ਪਾਹੁਣੀ ਬਲਿ ਰਾਮ ਜੀਉ ॥ ਮੈਲੀ ਅਵਗਣਿ ਚਿਤਿ ਬਿਨੁ ਗੁਰ ਗੁਣ ਨ ਸਮਾਵਨੀ ਬਲਿ ਰਾਮ ਜੀਉ ॥ ਗੁਣ ਸਾਰ ਨ ਜਾਣੀ ਭਰਮਿ ਭੁਲਾਣੀ ਜੋਬਨੁ ਬਾਦਿ ਗਵਾਇਆ ॥ ਵਰੁ ਘਰੁ ਦਰੁ ਦਰਸਨੁ ਨਹੀ ਜਾਤਾ ਪਿਰ ਕਾ ਸਹਜੁ ਨ ਭਾਇਆ ॥ ਸਤਿਗੁਰ ਪੂਛਿ ਨ ਮਾਰਗਿ ਚਾਲੀ ਸੂਤੀ ਰੈਣਿ ਵਿਹਾਣੀ ॥ ਨਾਨਕ ਬਾਲਤਣਿ ਰਾਡੇਪਾ ਬਿਨੁ ਪਿਰ ਧਨ ਕੁਮਲਾਣੀ ॥੧॥ ਬਾਬਾ ਮੈ ਵਰੁ ਦੇਹਿ ਮੈ ਹਰਿ ਵਰੁ ਭਾਵੈ ਤਿਸ ਕੀ ਬਲਿ ਰਾਮ ਜੀਉ ॥ ਰਵਿ ਰਹਿਆ ਜੁਗ ਚਾਰਿ ਤ੍ਰਿਭਵਣ ਬਾਣੀ ਜਿਸ ਕੀ ਬਲਿ ਰਾਮ ਜੀਉ ॥ ਤ੍ਰਿਭਵਣ ਕੰਤੁ ਰਵੈ ਸੋਹਾਗਣਿ ਅਵਗਣਵੰਤੀ ਦੂਰੇ ॥ ਜੈਸੀ ਆਸਾ ਤੈਸੀ ਮਨਸਾ ਪੂਰਿ ਰਹਿਆ ਭਰਪੂਰੇ ॥ ਹਰਿ ਕੀ ਨਾਰਿ ਸੁ ਸਰਬ ਸੁਹਾਗਣਿ ਰਾਂਡ ਨ ਮੈਲੈ ਵੇਸੇ ॥ ਨਾਨਕ ਮੈ ਵਰੁ ਸਾਚਾ ਭਾਵੈ ਜੁਗਿ ਜੁਗਿ ਪ੍ਰੀਤਮ ਤੈਸੇ ॥੨॥ ਬਾਬਾ ਲਗਨੁ ਗਣਾਇ ਹੰ ਭੀ ਵੰਞਾ ਸਾਹੁਰੈ ਬਲਿ ਰਾਮ ਜੀਉ ॥ ਸਾਹਾ ਹੁਕਮੁ ਰਜਾਇ ਸੋ ਨ ਟਲੈ ਜੋ ਪ੍ਰਭੁ ਕਰੈ ਬਲਿ ਰਾਮ ਜੀਉ ॥ ਕਿਰਤੁ ਪਇਆ ਕਰਤੈ ਕਰਿ ਪਾਇਆ ਮੇਟਿ ਨ ਸਕੈ ਕੋਈ ॥ ਜਾਞੀ ਨਾਉ ਨਰਹ ਨਿਹਕੇਵਲੁ ਰਵਿ ਰਹਿਆ ਤਿਹੁ ਲੋਈ ॥ ਮਾਇ ਨਿਰਾਸੀ ਰੋਇ ਵਿਛੁੰਨੀ ਬਾਲੀ ਬਾਲੈ ਹੇਤੇ ॥ ਨਾਨਕ ਸਾਚ ਸਬਦਿ ਸੁਖ ਮਹਲੀ ਗੁਰ ਚਰਣੀ ਪ੍ਰਭੁ ਚੇਤੇ ॥੩॥ ਬਾਬੁਲਿ ਦਿਤੜੀ ਦੂਰਿ ਨ ਆਵੈ ਘਰਿ ਪੇਈਐ ਬਲਿ ਰਾਮ ਜੀਉ ॥ ਰਹਸੀ ਵੇਖਿ ਹਦੂਰਿ ਪਿਰਿ ਰਾਵੀ ਘਰਿ ਸੋਹੀਐ ਬਲਿ ਰਾਮ ਜੀਉ ॥ ਸਾਚੇ ਪਿਰ ਲੋੜੀ ਪ੍ਰੀਤਮ ਜੋੜੀ ਮਤਿ ਪੂਰੀ ਪਰਧਾਨੇ ॥ ਸੰਜੋਗੀ ਮੇਲਾ ਥਾਨਿ ਸੁਹੇਲਾ ਗੁਣਵੰਤੀ ਗੁਰ ਗਿਆਨੇ ॥ ਸਤੁ ਸੰਤੋਖੁ ਸਦਾ ਸਚੁ ਪਲੈ ਸਚੁ ਬੋਲੈ ਪਿਰ ਭਾਏ ॥ ਨਾਨਕ ਵਿਛੁੜਿ ਨਾ ਦੁਖੁ ਪਾਏ ਗੁਰਮਤਿ ਅੰਕਿ ਸਮਾਏ ॥੪॥੧॥

ਰਾਗੁ ਸੂਹੀ ਮਹਲਾ ੧ ਛੰਤੁ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਹਮ ਘਰਿ ਸਾਜਨ ਆਏ ॥ ਸਾਚੈ ਮੇਲਿ ਮਿਲਾਏ ॥ ਸਹਜਿ ਮਿਲਾਏ ਹਰਿ ਮਨਿ ਭਾਏ ਪੰਚ ਮਿਲੇ ਸੁਖੁ ਪਾਇਆ ॥ ਸਾਈ ਵਸਤੁ ਪਰਾਪਤਿ ਹੋਈ ਜਿਸੁ ਸੇਤੀ ਮਨੁ ਲਾਇਆ ॥ ਅਨਦਿਨੁ ਮੇਲੁ ਭਇਆ ਮਨੁ ਮਾਨਿਆ ਘਰ ਮੰਦਰ ਸੋਹਾਏ ॥ ਪੰਚ ਸਬਦ ਧੁਨਿ ਅਨਹਦ ਵਾਜੇ ਹਮ ਘਰਿ ਸਾਜਨ ਆਏ ॥੧॥ ਆਵਹੁ ਮੀਤ ਪਿਆਰੇ ॥ ਮੰਗਲ ਗਾਵਹੁ ਨਾਰੇ ॥ ਸਚੁ ਮੰਗਲੁ ਗਾਵਹੁ ਤਾ ਪ੍ਰਭ ਭਾਵਹੁ ਸੋਹਿਲੜਾ ਜੁਗ ਚਾਰੇ ॥ ਅਪਨੈ ਘਰਿ ਆਇਆ ਥਾਨਿ ਸੁਹਾਇਆ ਕਾਰਜ ਸਬਦਿ ਸਵਾਰੇ ॥ ਗਿਆਨ ਮਹਾ ਰਸੁ ਨੇਤ੍ਰੀ ਅੰਜਨੁ ਤ੍ਰਿਭਵਣ ਰੂਪੁ ਦਿਖਾਇਆ ॥ ਸਖੀ ਮਿਲਹੁ ਰਸਿ ਮੰਗਲੁ ਗਾਵਹੁ ਹਮ ਘਰਿ ਸਾਜਨੁ ਆਇਆ ॥੨॥ ਮਨੁ ਤਨੁ ਅੰਮ੍ਰਿਤਿ ਭਿੰਨਾ ॥ ਅੰਤਰਿ ਪ੍ਰੇਮੁ ਰਤੰਨਾ ॥ ਅੰਤਰਿ ਰਤਨੁ ਪਦਾਰਥੁ ਮੇਰੈ ਪਰਮ ਤਤੁ ਵੀਚਾਰੋ ॥ ਜੰਤ ਭੇਖ ਤੂ ਸਫਲਿਓ ਦਾਤਾ ਸਿਰਿ ਸਿਰਿ ਦੇਵਣਹਾਰੋ ॥ ਤੂ ਜਾਨੁ ਗਿਆਨੀ ਅੰਤਰਜਾਮੀ ਆਪੇ ਕਾਰਣੁ ਕੀਨਾ ॥ ਸੁਨਹੁ ਸਖੀ ਮਨੁ ਮੋਹਨਿ ਮੋਹਿਆ ਤਨੁ ਮਨੁ ਅੰਮ੍ਰਿਤਿ ਭੀਨਾ ॥੩॥ ਆਤਮ ਰਾਮੁ ਸੰਸਾਰਾ ॥ ਸਾਚਾ ਖੇਲੁ ਤੁਮ੍ਾਰਾ ॥ ਸਚੁ ਖੇਲੁ ਤੁਮ੍ਾਰਾ ਅਗਮ ਅਪਾਰਾ ਤੁਧੁ ਬਿਨੁ ਕਉਣੁ ਬੁਝਾਏ ॥ ਸਿਧ ਸਾਧਿਕ ਸਿਆਣੇ ਕੇਤੇ ਤੁਝ ਬਿਨੁ ਕਵਣੁ ਕਹਾਏ ॥ ਕਾਲੁ ਬਿਕਾਲੁ ਭਏ ਦੇਵਾਨੇ ਮਨੁ ਰਾਖਿਆ ਗੁਰਿ ਠਾਏ ॥ ਨਾਨਕ ਅਵਗਣ ਸਬਦਿ ਜਲਾਏ ਗੁਣ ਸੰਗਮਿ ਪ੍ਰਭੁ ਪਾਏ ॥੪॥੧॥੨॥

ਰਾਗੁ ਸੂਹੀ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਆਵਹੁ ਸਜਣਾ ਹਉ ਦੇਖਾ ਦਰਸਨੁ ਤੇਰਾ ਰਾਮ ॥ ਘਰਿ ਆਪਨੜੈ ਖੜੀ ਤਕਾ ਮੈ ਮਨਿ ਚਾਉ ਘਨੇਰਾ ਰਾਮ ॥ ਮਨਿ ਚਾਉ ਘਨੇਰਾ ਸੁਣਿ ਪ੍ਰਭ ਮੇਰਾ ਮੈ ਤੇਰਾ ਭਰਵਾਸਾ ॥ ਦਰਸਨੁ ਦੇਖਿ ਭਈ ਨਿਹਕੇਵਲ ਜਨਮ ਮਰਣ ਦੁਖੁ ਨਾਸਾ ॥ ਸਗਲੀ ਜੋਤਿ ਜਾਤਾ ਤੂ ਸੋਈ ਮਿਲਿਆ ਭਾਇ ਸੁਭਾਏ ॥ ਨਾਨਕ ਸਾਜਨ ਕਉ ਬਲਿ ਜਾਈਐ ਸਾਚਿ ਮਿਲੇ ਘਰਿ ਆਏ ॥੧॥ ਘਰਿ ਆਇਅੜੇ ਸਾਜਨਾ ਤਾ ਧਨ ਖਰੀ ਸਰਸੀ ਰਾਮ ॥ ਹਰਿ ਮੋਹਿਅੜੀ ਸਾਚ ਸਬਦਿ ਠਾਕੁਰ ਦੇਖਿ ਰਹੰਸੀ ਰਾਮ ॥ ਗੁਣ ਸੰਗਿ ਰਹੰਸੀ ਖਰੀ ਸਰਸੀ ਜਾ ਰਾਵੀ ਰੰਗਿ ਰਾਤੈ ॥ ਅਵਗਣ ਮਾਰਿ ਗੁਣੀ ਘਰੁ ਛਾਇਆ ਪੂਰੈ ਪੁਰਖਿ ਬਿਧਾਤੈ ॥ ਤਸਕਰ ਮਾਰਿ ਵਸੀ ਪੰਚਾਇਣਿ ਅਦਲੁ ਕਰੇ ਵੀਚਾਰੇ ॥ ਨਾਨਕ ਰਾਮ ਨਾਮਿ ਨਿਸਤਾਰਾ ਗੁਰਮਤਿ ਮਿਲਹਿ ਪਿਆਰੇ ॥੨॥ ਵਰੁ

ਪਾਇਅੜਾ ਬਾਲੜੀਏ ਆਸਾ ਮਨਸਾ ਪੂਰੀ ਰਾਮ ॥ ਪਿਰਿ ਰਾਵਿਅੜੀ ਸਬਦਿ ਰਲੀ ਰਵਿ ਰਹਿਆ ਨਹ ਦੂਰੀ ਰਾਮ ॥ ਪ੍ਰਭੁ ਦੂਰਿ ਨ ਹੋਈ ਘਟਿ ਘਟਿ ਸੋਈ ਤਿਸ ਕੀ ਨਾਰਿ ਸਬਾਈ ॥ ਆਪੇ ਰਸੀਆ ਆਪੇ ਰਾਵੇ ਜਿਉ ਤਿਸ ਦੀ ਵਡਿਆਈ ॥ ਅਮਰ ਅਡੋਲੁ ਅਮੋਲੁ ਅਪਾਰਾ ਗੁਰਿ ਪੂਰੈ ਸਚੁ ਪਾਈਐ ॥ ਨਾਨਕ ਆਪੇ ਜੋਗ ਸਜੋਗੀ ਨਦਰਿ ਕਰੇ ਲਿਵ ਲਾਈਐ ॥੩॥ ਪਿਰੁ ਉਚੜੀਐ ਮਾੜੜੀਐ ਤਿਹੁ ਲੋਆ ਸਿਰਤਾਜਾ ਰਾਮ ॥ ਹਉ ਬਿਸਮ ਭਈ ਦੇਖਿ ਗੁਣਾ ਅਨਹਦ ਸਬਦ ਅਗਾਜਾ ਰਾਮ ॥ ਸਬਦੁ ਵੀਚਾਰੀ ਕਰਣੀ ਸਾਰੀ ਰਾਮ ਨਾਮੁ ਨੀਸਾਣੋ ॥ ਨਾਮ ਬਿਨਾ ਖੋਟੇ ਨਹੀ ਠਾਹਰ ਨਾਮੁ ਰਤਨੁ ਪਰਵਾਣੋ ॥ ਪਤਿ ਮਤਿ ਪੂਰੀ ਪੂਰਾ ਪਰਵਾਨਾ ਨਾ ਆਵੈ ਨਾ ਜਾਸੀ ॥ ਨਾਨਕ ਗੁਰਮੁਖਿ ਆਪੁ ਪਛਾਣੈ ਪ੍ਰਭ ਜੈਸੇ ਅਵਿਨਾਸੀ ॥੪॥੧॥੩॥

ੴ ਸਤਿਗੁਰ ਪ੍ਰਸਾਦਿ ॥ ਰਾਗੁ ਸੂਹੀ ਛੰਤ ਮਹਲਾ ੧ ਘਰੁ ੪ ॥ ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ ॥ ਦਾਨਿ ਤੇਰੈ ਘਟਿ ਚਾਨਣਾ ਤਨਿ ਚੰਦੁ ਦੀਪਾਇਆ ॥ ਚੰਦੋ ਦੀਪਾਇਆ ਦਾਨਿ ਹਰਿ ਕੈ ਦੁਖੁ ਅੰਧੇਰਾ ਉਠਿ ਗਇਆ ॥ ਗੁਣ ਜੰਞ ਲਾੜੇ ਨਾਲਿ ਸੋਹੈ ਪਰਖਿ ਮੋਹਣੀਐ ਲਇਆ ॥ ਵੀਵਾਹੁ ਹੋਆ ਸੋਭ ਸੇਤੀ ਪੰਚ ਸਬਦੀ ਆਇਆ ॥ ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ ॥੧॥ ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ ॥ ਇਹੁ ਤਨੁ ਜਿਨ ਸਿਉ ਗਾਡਿਆ ਮਨੁ ਲੀਅੜਾ ਦੀਤਾ ॥ ਲੀਆ ਤ ਦੀਆ ਮਾਨੁ ਜਿਨ੍ ਸਿਉ ਸੇ ਸਜਨ ਕਿਉ ਵੀਸਰਹਿ ॥ ਜਿਨ੍ ਦਿਸਿ ਆਇਆ ਹੋਹਿ ਰਲੀਆ ਜੀਅ ਸੇਤੀ ਗਹਿ ਰਹਹਿ ॥ ਸਗਲ ਗੁਣ ਅਵਗਣੁ ਨ ਕੋਈ ਹੋਹਿ ਨੀਤਾ ਨੀਤਾ ॥ ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ ॥੨॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥ ਜੇ ਗੁਣ ਹੋਵਨ੍ਹਿ ਸਾਜਨਾ ਮਿਲਿ ਸਾਝ ਕਰੀਜੈ ॥ ਸਾਝ ਕਰੀਜੈ ਗੁਣਹ ਕੇਰੀ ਛੋਡਿ ਅਵਗਣ ਚਲੀਐ ॥ ਪਹਿਰੇ ਪਟੰਬਰ ਕਰਿ ਅਡੰਬਰ ਆਪਣਾ ਪਿੜੁ ਮਲੀਐ ॥ ਜਿਥੈ ਜਾਇ ਬਹੀਐ ਭਲਾ ਕਹੀਐ ਝੋਲਿ ਅੰਮ੍ਰਿਤੁ ਪੀਜੈ ॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥੩॥ ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ ॥ ਆਖਣ ਤਾ ਕਉ ਜਾਈਐ ਜੇ ਭੂਲੜਾ ਹੋਈ ॥ ਜੇ ਹੋਇ ਭੂਲਾ ਜਾਇ ਕਹੀਐ ਆਪਿ ਕਰਤਾ ਕਿਉ ਭੁਲੈ ॥ ਸੁਣੇ ਦੇਖੇ ਬਾਝੁ ਕਹਿਐ ਦਾਨੁ ਅਣਮੰਗਿਆ ਦਿਵੈ ॥ ਦਾਨੁ ਦੇਇ ਦਾਤਾ ਜਗਿ

ਬਿਧਾਤਾ ਨਾਨਕਾ ਸਚੁ ਸੋਈ ॥ ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ ॥੪॥੧॥੪॥ ਸੂਹੀ ਮਹਲਾ ੧ ॥ ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ ॥ ਗੁਰ ਕੀ ਪਉੜੀ ਸਾਚ ਕੀ ਸਾਚਾ ਸੁਖੁ ਹੋਈ ॥ ਸੁਖਿ ਸਹਜਿ ਆਵੈ ਸਾਚ ਭਾਵੈ ਸਾਚ ਕੀ ਮਤਿ ਕਿਉ ਟਲੈ ॥ ਇਸਨਾਨੁ ਦਾਨੁ ਸੁਗਿਆਨੁ ਮਜਨੁ ਆਪਿ ਅਛਲਿਓ ਕਿਉ ਛਲੈ ॥ ਪਰਪੰਚ ਮੋਹ ਬਿਕਾਰ ਥਾਕੇ ਕੂੜੁ ਕਪਟੁ ਨ ਦੋਈ ॥ ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ ॥੧॥ ਸਾਹਿਬੁ ਸੋ ਸਾਲਾਹੀਐ ਜਿਨਿ ਕਾਰਣੁ ਕੀਆ ॥ ਮੈਲੁ ਲਾਗੀ ਮਨਿ ਮੈਲਿਐ ਕਿਨੈ ਅੰਮ੍ਰਿਤੁ ਪੀਆ ॥ ਮਥਿ ਅੰਮ੍ਰਿਤੁ ਪੀਆ ਇਹੁ ਮਨੁ ਦੀਆ ਗੁਰ ਪਹਿ ਮੋਲੁ ਕਰਾਇਆ ॥ ਆਪਨੜਾ ਪ੍ਰਭੁ ਸਹਜਿ ਪਛਾਤਾ ਜਾ ਮਨੁ ਸਾਚੈ ਲਾਇਆ ॥ ਤਿਸੁ ਨਾਲਿ ਗੁਣ ਗਾਵਾ ਜੇ ਤਿਸੁ ਭਾਵਾ ਕਿਉ ਮਿਲੈ ਹੋਇ ਪਰਾਇਆ ॥ ਸਾਹਿਬੁ ਸੋ ਸਾਲਾਹੀਐ ਜਿਨਿ ਜਗਤੁ ਉਪਾਇਆ ॥੨॥ ਆਇ ਗਇਆ ਕੀ ਨ ਆਇਓ ਕਿਉ ਆਵੈ ਜਾਤਾ ॥ ਪ੍ਰੀਤਮ ਸਿਉ ਮਨੁ ਮਾਨਿਆ ਹਰਿ ਸੇਤੀ ਰਾਤਾ ॥ ਸਾਹਿਬ ਰੰਗਿ ਰਾਤਾ ਸਚ ਕੀ ਬਾਤਾ ਜਿਨਿ ਬਿੰਬ ਕਾ ਕੋਟੁ ਉਸਾਰਿਆ ॥ ਪੰਚ ਭੂ ਨਾਇਕੋ ਆਪਿ ਸਿਰੰਦਾ ਜਿਨਿ ਸਚ ਕਾ ਪਿੰਡੁ ਸਵਾਰਿਆ ॥ ਹਮ ਅਵਗਣਿਆਰੇ ਤੂ ਸੁਣਿ ਪਿਆਰੇ ਤੁਧੁ ਭਾਵੈ ਸਚੁ ਸੋਈ ॥ ਆਵਣ ਜਾਣਾ ਨਾ ਥੀਐ ਸਾਚੀ ਮਤਿ ਹੋਈ ॥੩॥ ਅੰਜਨੁ ਤੈਸਾ ਅੰਜੀਐ ਜੈਸਾ ਪਿਰ ਭਾਵੈ ॥ ਸਮਝੈ ਸੂਝੈ ਜਾਣੀਐ ਜੇ ਆਪਿ ਜਾਣਾਵੈ ॥ ਆਪਿ ਜਾਣਾਵੈ ਮਾਰਗਿ ਪਾਵੈ ਆਪੇ ਮਨੂਆ ਲੇਵਏ ॥ ਕਰਮ ਸੁਕਰਮ ਕਰਾਏ ਆਪੇ ਕੀਮਤਿ ਕਉਣ ਅਭੇਵਏ ॥ ਤੰਤੁ ਮੰਤੁ ਪਾਖੰਡੁ ਨ ਜਾਣਾ ਰਾਮੁ ਰਿਦੈ ਮਨੁ ਮਾਨਿਆ ॥ ਅੰਜਨੁ ਨਾਮੁ ਤਿਸੈ ਤੇ ਸੂਝੈ ਗੁਰ ਸਬਦੀ ਸਚੁ ਜਾਨਿਆ ॥੪॥ ਸਾਜਨ ਹੋਵਨਿ ਆਪਣੇ ਕਿਉ ਪਰ ਘਰ ਜਾਹੀ ॥ ਸਾਜਨ ਰਾਤੇ ਸਚ ਕੇ ਸੰਗੇ ਮਨ ਮਾਹੀ ॥ ਮਨ ਮਾਹਿ ਸਾਜਨ ਕਰਹਿ ਰਲੀਆ ਕਰਮ ਧਰਮ ਸਬਾਇਆ ॥ ਅਠਸਠਿ ਤੀਰਥ ਪੁੰਨ ਪੂਜਾ ਨਾਮੁ ਸਾਚਾ ਭਾਇਆ ॥ ਆਪਿ ਸਾਜੇ ਥਾਪਿ ਵੇਖੈ ਤਿਸੈ ਭਾਣਾ ਭਾਇਆ ॥ ਸਾਜਨ ਰਾਂਗਿ ਰੰਗੀਲੜੇ ਰੰਗੁ ਲਾਲੁ ਬਣਾਇਆ ॥੫॥ ਅੰਧਾ ਆਗੂ ਜੇ ਥੀਐ ਕਿਉ ਪਾਧਰੁ ਜਾਣੈ ॥ ਆਪਿ ਮੁਸੈ ਮਤਿ ਹੋਛੀਐ ਕਿਉ ਰਾਹੁ ਪਛਾਣੈ ॥ ਕਿਉ ਰਾਹਿ ਜਾਵੈ ਮਹਲੁ ਪਾਵੈ ਅੰਧ ਕੀ ਮਤਿ ਅੰਧਲੀ ॥ ਵਿਣੁ ਨਾਮ ਹਰਿ ਕੇ ਕਛੁ ਨ ਸੂਝੈ ਅੰਧੁ ਬੂਡੌ ਧੰਧਲੀ ॥ ਦਿਨੁ ਰਾਤਿ ਚਾਨਣੁ ਚਾਉ ਉਪਜੈ ਸਬਦੁ ਗੁਰ ਕਾ ਮਨਿ ਵਸੈ ॥ ਕਰ ਜੋੜਿ ਗੁਰ ਪਹਿ ਕਰਿ

ਬਿਨੰਤੀ ਰਾਹੁ ਪਾਧਰੁ ਗੁਰੁ ਦਸੈ ॥੬॥ ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ ॥ ਕਿਸੁ ਪਹਿ ਖੋਲ੍ਉ ਗੰਠੜੀ ਦੂਖੀ ਭਰਿ ਆਇਆ ॥ ਦੂਖੀ ਭਰਿ ਆਇਆ ਜਗਤੁ ਸਬਾਇਆ ਕਉਣੁ ਜਾਣੈ ਬਿਧਿ ਮੇਰੀਆ ॥ ਆਵਣੇ ਜਾਵਣੇ ਖਰੇ ਡਰਾਵਣੇ ਤੋਟਿ ਨ ਆਵੈ ਫੇਰੀਆ ॥ ਨਾਮ ਵਿਹੂਣੇ ਊਣੇ ਝੂਣੇ ਨਾ ਗੁਰਿ ਸਬਦੁ ਸੁਣਾਇਆ ॥ ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ ॥੭॥ ਗੁਰ ਮਹਲੀ ਘਰਿ ਆਪਣੈ ਸੋ ਭਰਪੁਰਿ ਲੀਣਾ ॥ ਸੇਵਕੁ ਸੇਵਾ ਤਾਂ ਕਰੇ ਸਚ ਸਬਦਿ ਪਤੀਣਾ ॥ ਸਬਦੇ ਪਤੀਜੈ ਅੰਕੁ ਭੀਜੈ ਸੁ ਮਹਲੁ ਮਹਲਾ ਅੰਤਰੇ ॥ ਆਪਿ ਕਰਤਾ ਕਰੇ ਸੋਈ ਪ੍ਰਭੁ ਆਪਿ ਅੰਤਿ ਨਿਰੰਤਰੇ ॥ ਗੁਰ ਸਬਦਿ ਮੇਲਾ ਤਾਂ ਸੁਹੇਲਾ ਬਾਜੰਤ ਅਨਹਦ ਬੀਣਾ ॥ ਗੁਰ ਮਹਲੀ ਘਰਿ ਆਪਣੈ ਸੋ ਭਰਿਪੁਰਿ ਲੀਣਾ ॥੮॥ ਕੀਤਾ ਕਿਆ ਸਾਲਾਹੀਐ ਕਰਿ ਵੇਖੈ ਸੋਈ ॥ ਤਾ ਕੀ ਕੀਮਤਿ ਨ ਪਵੈ ਜੇ ਲੋਚੈ ਕੋਈ ॥ ਕੀਮਤਿ ਸੋ ਪਾਵੈ ਆਪਿ ਜਾਣਾਵੈ ਆਪਿ ਅਭੁਲੁ ਨ ਭੁਲਏ ॥ ਜੈ ਜੈ ਕਾਰੁ ਕਰਹਿ ਤੁਧੁ ਭਾਵਹਿ ਗੁਰ ਕੈ ਸਬਦਿ ਅਮੁਲਏ ॥ ਹੀਣਉ ਨੀਚੁ ਕਰਉ ਬੇਨੰਤੀ ਸਾਚੁ ਨ ਛੋਡਉ ਭਾਈ ॥ ਨਾਨਕ ਜਿਨਿ ਕਰਿ ਦੇਖਿਆ ਦੇਵੈ ਮਤਿ ਸਾਈ ॥੯॥੨॥੫॥

ਅੰਗ 767 ਤੋਂ ਰਾਗੁ ਸੂਹੀ ਛੰਤ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 772 ਤੱਕ ਹੈ।

ਅੰਗ 772 ਤੋਂ ਰਾਗੁ ਸੂਹੀ ਮਹਲਾ ੪ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 777 ਤੱਕ ਹੈ।

ਅੰਗ 777 ਤੋਂ ਰਾਗੁ ਸੂਹੀ ਛੰਤ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 785 ਤੱਕ ਹੈ।

ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩

ਅੰਗ 785 ਤੋਂ ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 792 ਤੱਕ ਹੈ। ਇਸ ਵਾਰ ਵਿਚ ਪਹਿਲੇ ਪਾਤਸ਼ਾਹ, ਦੂਜੇ ਪਾਤਸ਼ਾਹ ਅਤੇ ਤੀਜੇ ਪਾਤਸ਼ਾਹ ਦੇ ਸਲੋਕ ਹਨ।

ੴ ਸਤਿਗੁਰ ਪ੍ਰਸਾਦਿ ॥

ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩ ॥ ਸਲੋਕੁ ਮਃ ੩ ॥

....

ਮਃ ੧ ॥ ਸੂਹਾ ਰੰਗੁ ਸੁਪਨੈ ਨਿਸੀ ਬਿਨੁ ਤਾਗੇ ਗਲਿ ਹਾਰੁ ॥ ਸਚਾ ਰੰਗੁ ਮਜੀਠ ਕਾ ਗੁਰਮੁਖਿ ਬ੍ਰਹਮ ਬੀਚਾਰੁ ॥ ਨਾਨਕ ਪ੍ਰੇਮ ਮਹਾ ਰਸੀ ਸਭਿ ਬੁਰਿਆਈਆ ਛਾਰੁ ॥੨॥ ਪਉੜੀ ॥ ਇਹੁ ਜਗੁ ਆਪਿ ਉਪਾਇਓਨੁ ਕਰਿ ਚੋਜ ਵਿਡਾਨੁ ॥ ਪੰਚ ਧਾਤੁ ਵਿਚਿ ਪਾਈਅਨੁ ਮੋਹੁ ਝੂਠੁ ਗੁਮਾਨੁ ॥ ਆਵੈ ਜਾਇ ਭਵਾਈਐ ਮਨਮੁਖੁ ਅਗਿਆਨੁ ॥ ਇਕਨਾ ਆਪਿ ਬੁਝਾਇਓਨੁ ਗੁਰਮੁਖਿ ਹਰਿ ਗਿਆਨੁ ॥ ਭਗਤਿ ਖਜਾਨਾ ਬਖਸਿਓਨੁ ਹਰਿ ਨਾਮੁ ਨਿਧਾਨੁ ॥੪॥

ਸਲੋਕੁ ਮਃ ੩ ॥---

ਸਲੋਕੁ ਮਃ ੨ ॥ --

ਸਲੋਕ ਮਃ ੩ ॥--

ਸਲੋਕ ਮਃ ੧ ॥ ਵਾਹੁ ਖਸਮ ਤੂ ਵਾਹੁ ਜਿਨਿ ਰਚਿ ਰਚਨਾ ਹਮ ਕੀਏ ॥ ਸਾਗਰ ਲਹਰਿ ਸਮੁੰਦ ਸਰ ਵੇਲਿ ਵਰਸ ਵਰਾਹੁ ॥ ਆਪਿ ਖੜੋਵਹਿ ਆਪਿ ਕਰਿ ਆਪੀਣੈ ਆਪਾਹੁ ॥ ਗੁਰਮੁਖਿ ਸੇਵਾ ਥਾਇ ਪਵੈ ਉਨਮਨਿ ਤਤੁ ਕਮਾਹੁ ॥ ਮਸਕਤਿ ਲਹਹੁ ਮਜੂਰੀਆ ਮੰਗਿ ਮੰਗਿ ਖਸਮ ਦਰਾਹੁ ॥ ਨਾਨਕ ਪੁਰ ਦਰ ਵੇਪਰਵਾਹ ਤਉ ਦਰਿ ਊਣਾ ਨਾਹਿ ਕੋ ਸਚਾ ਵੇਪਰਵਾਹੁ ॥੧॥ ਮਹਲਾ ੧ ॥ ਉਜਲ ਮੋਤੀ ਸੋਹਣੇ ਰਤਨਾ ਨਾਲਿ ਜੁੜੰਨਿ ॥ ਤਿਨ ਜਰੁ ਵੈਰੀ ਨਾਨਕਾ ਜਿ ਬੁਢੇ ਥੀਇ ਮਰੰਨਿ ॥ ੨॥ ਪਉੜੀ ॥ ਹਰਿ ਸਾਲਾਹੀ ਸਦਾ ਸਦਾ ਤਨੁ ਮਨੁ ਸਉਪਿ ਸਰੀਰੁ ॥ ਗੁਰ ਸਬਦੀ ਸਚੁ ਪਾਇਆ ਸਚਾ ਗਹਿਰ ਗੰਭੀਰੁ ॥ ਮਨਿ ਤਨਿ ਹਿਰਦੈ ਰਵਿ ਰਹਿਆ ਹਰਿ ਹੀਰਾ ਹੀਰੁ ॥ ਜਨਮ ਮਰਣ ਕਾ ਦੁਖੁ ਗਇਆ ਫਿਰਿ ਪਵੈ ਨ ਫੀਰੁ ॥ ਨਾਨਕ ਨਾਮੁ ਸਲਾਹਿ ਤੂ ਹਰਿ ਗੁਣੀ ਗਹੀਰੁ ॥੧●॥ ਸਲੋਕ ਮਃ ੧ ॥ ਨਾਨਕ ਇਹੁ ਤਨੁ ਜਾਲਿ ਜਿਨਿ ਜਲਿਐ ਨਾਮੁ ਵਿਸਾਰਿਆ ॥ ਪਉਦੀ ਜਾਇ ਪਰਾਲਿ ਪਿਛੈ ਹਥੁ ਨ ਅੰਬੜੈ ਤਿਤੁ ਨਿਵੰਧੈ ਤਾਲਿ ॥੧॥ ਮਃ ੧ ॥ ਨਾਨਕ ਮਨ ਕੇ ਕੰਮ ਫਿਟਿਆ ਗਣਤ ਨ ਆਵਹੀ ॥ ਕਿਤੀ ਲਹਾ ਸਹੰਮ ਜਾ ਬਖਸੇ ਤਾ ਧਕਾ ਨਹੀ ॥੨॥ ਪਉੜੀ ॥ ਸਚਾ ਅਮਰੁ ਚਲਾਇਓਨੁ ਕਰਿ ਸਚੁ ਫੁਰਮਾਣੁ ॥ ਸਦਾ ਨਿਹਚਲੁ ਰਵਿ ਰਹਿਆ ਸੋ ਪੁਰਖੁ ਸੁਜਾਣੁ ॥ ਗੁਰ ਪਰਸਾਦੀ ਸੇਵੀਐ ਸਚੁ ਸਬਦਿ ਨੀਸਾਣੁ ॥ ਪੂਰਾ ਥਾਟੁ ਬਣਾਇਆ ਰੰਗੁ ਗੁਰਮਤਿ ਮਾਣੁ ॥ ਅਗਮ ਅਗੋਚਰੁ ਅਲਖੁ ਹੈ ਗੁਰਮੁਖਿ ਹਰਿ ਜਾਣੁ ॥੧੧॥ ਸਲੋਕ ਮਃ ੧ ॥ ਨਾਨਕ ਬਦਰਾ ਮਾਲ ਕਾ ਭੀਤਰਿ ਧਰਿਆ ਆਣਿ ॥ ਖੋਟੇ ਖਰੇ ਪਰਖੀਅਨਿ ਸਾਹਿਬ ਕੈ ਦੀਬਾਣਿ ॥੧॥ ਮਃ ੧ ॥ ਨਾਵਣ ਚਲੇ ਤੀਰਥੀ ਮਨਿ ਖੋਟੈ ਤਨਿ ਚੋਰ ॥ ਇਕੁ ਭਾਉ ਲਥੀ ਨਾਤਿਆ ਦੁਇ ਭਾ ਚੜੀਅਸੁ ਹੋਰ ॥ ਬਾਹਰਿ ਧੋਤੀ ਤੂਮੜੀ ਅੰਦਰਿ ਵਿਸੁ ਨਿਕੋਰ ॥ ਸਾਧ ਭਲੇ ਅਣਨਾਤਿਆ ਚੋਰ ਸਿ ਚੋਰਾ ਚੋਰ ॥੨॥ ਪਉੜੀ ॥ ਆਪੇ ਹੁਕਮੁ ਚਲਾਇਦਾ ਜਗੁ ਧੰਧੈ ਲਾਇਆ ॥ ਇਕਿ

ਆਪੇ ਹੀ ਆਪਿ ਲਾਇਅਨੁ ਗੁਰ ਤੇ ਸੁਖੁ ਪਾਇਆ ॥ ਦਹ ਦਿਸ ਇਹੁ ਮਨੁ ਧਾਵਦਾ ਗੁਰਿ ਠਾਕਿ ਰਹਾਇਆ ॥ ਨਾਵੈ ਨੋ ਸਭ ਲੋਚਦੀ ਗੁਰਮਤੀ ਪਾਇਆ ॥ ਧੁਰਿ ਲਿਖਿਆ ਮੇਟਿ ਨ ਸਕੀਐ ਜੋ ਹਰਿ ਲਿਖਿ ਪਾਇਆ ॥੧੨॥ ਸਲੋਕ ਮਃ ੧ ॥ ਦੁਇ ਦੀਵੇ ਚਉਦਹ ਹਟਨਾਲੇ ॥ ਜੇਤੇ ਜੀਅ ਤੇਤੇ ਵਣਜਾਰੇ ॥ ਖੁਲ੍ਹੇ ਹਟ ਹੋਆ ਵਾਪਾਰੁ ॥ ਜੋ ਪਹੁਚੈ ਸੋ ਚਲਣਹਾਰੁ ॥ ਧਰਮੁ ਦਲਾਲੁ ਪਾਏ ਨੀਸਾਣੁ ॥ ਨਾਨਕ ਨਾਮੁ ਲਾਹਾ ਪਰਵਾਣੁ ॥ ਘਰਿ ਆਏ ਵਜੀ ਵਾਧਾਈ ॥ ਸਚ ਨਾਮ ਕੀ ਮਿਲੀ ਵਡਿਆਈ ॥੧॥ ਮਃ ੧ ॥ ਰਾਤੀ ਹੋਵਨਿ ਕਾਲੀਆ ਸੁਪੇਦਾ ਸੇ ਵੰਨ ॥ ਦਿਹੁ ਬਗਾ ਤਪੈ ਘਣਾ ਕਾਲਿਆ ਕਾਲੇ ਵੰਨ ॥ ਅੰਧੇ ਅਕਲੀ ਬਾਹਰੇ ਮੂਰਖ ਅੰਧ ਗਿਆਨੁ ॥ ਨਾਨਕ ਨਦਰੀ ਬਾਹਰੇ ਕਬਹਿ ਨ ਪਾਵਹਿ ਮਾਨੁ ॥੨॥ ਪਉੜੀ ॥ ਕਾਇਆ ਕੋਟੁ ਰਚਾਇਆ ਹਰਿ ਸਚੈ ਆਪੇ ॥ ਇਕਿ ਦੂਜੈ ਭਾਇ ਖੁਆਇਅਨੁ ਹਉਮੈ ਵਿਚਿ ਵਿਆਪੇ ॥ ਇਹੁ ਮਾਨਸ ਜਨਮੁ ਦੁਲੰਭੁ ਸਾ ਮਨਮੁਖ ਸੰਤਾਪੇ ॥ ਜਿਸੁ ਆਪਿ ਬੁਝਾਏ ਸੋ ਬੁਝਸੀ ਜਿਸੁ ਸਤਿਗੁਰੁ ਥਾਪੇ ॥ ਸਭੁ ਜਗੁ ਖੇਲੁ ਰਚਾਇਓਨੁ ਸਭ ਵਰਤੈ ਆਪੇ ॥੧੩॥ ਸਲੋਕ ਮਃ ੧ ॥ ਚੋਰਾ ਜਾਰਾ ਰੰਡੀਆ ਕੁਟਣੀਆ ਦੀਬਾਣੁ ॥ ਵੇਦੀਨਾ ਕੀ ਦੋਸਤੀ ਵੇਦੀਨਾ ਕਾ ਖਾਣੁ ॥ ਸਿਫਤੀ ਸਾਰ ਨ ਜਾਣਨੀ ਸਦਾ ਵਸੈ ਸੈਤਾਨੁ ॥ ਗਦਹੁ ਚੰਦਨਿ ਖਉਲੀਐ ਭੀ ਸਾਹੂ ਸਿਉ ਪਾਣੁ ॥ ਨਾਨਕ ਕੂੜੈ ਕਤਿਐ ਕੂੜਾ ਤਣੀਐ ਤਾਣੁ ॥ ਕੂੜਾ ਕਪੜੁ ਕਛੀਐ ਕੂੜਾ ਪੈਨਣੁ ਮਾਣੁ ॥੧॥ ਮਃ ੧ ॥ ਬਾਂਗਾ ਬੁਰਗੂ ਸਿੰਙੀਆ ਨਾਲੇ ਮਿਲੀ ਕਲਾਣ ॥ ਇਕਿ ਦਾਤੇ ਇਕਿ ਮੰਗਤੇ ਨਾਮੁ ਤੇਰਾ ਪਰਵਾਣੁ ॥ ਨਾਨਕ ਜਿਨ੍ਹੀ ਸੁਣਿ ਕੈ ਮੰਨਿਆ ਹਉ ਤਿਨਾ ਵਿਟਹੁ ਕੁਰਬਾਣੁ ॥੨॥ ਪਉੜੀ ॥ ਮਾਇਆ ਮੋਹੁ ਸਭੁ ਕੂੜੁ ਹੈ ਕੂੜੋ ਹੋਇ ਗਇਆ ॥ ਹਉਮੈ ਝਗੜਾ ਪਾਇਓਨੁ ਝਗੜੈ ਜਗੁ ਮੁਇਆ ॥ ਗੁਰਮੁਖਿ ਝਗੜੁ ਚੁਕਾਇਓਨੁ ਇਕੋ ਰਵਿ ਰਹਿਆ ॥ ਸਭੁ ਆਤਮ ਰਾਮੁ ਪਛਾਣਿਆ ਭਉਜਲੁ ਤਰਿ ਗਇਆ ॥ ਜੋਤਿ ਸਮਾਣੀ ਜੋਤਿ ਵਿਚਿ ਹਰਿ ਨਾਮਿ ਸਮਇਆ ॥੧੪॥ ਸਲੋਕ ਮਃ ੧ ॥ ਸਤਿਗੁਰ ਭੀਖਿਆ ਦੇਹਿ ਮੈ ਤੂੰ ਸੰਮ੍ਰਥੁ ਦਾਤਾਰੁ ॥ ਹਉਮੈ ਗਰਬੁ ਨਿਵਾਰੀਐ ਕਾਮੁ ਕ੍ਰੋਧੁ ਅਹੰਕਾਰੁ ॥ ਲਬੁ ਲੋਭੁ ਪਰਜਾਲੀਐ ਨਾਮੁ ਮਿਲੈ ਆਧਾਰੁ ॥ ਅਹਿਨਿਸਿ ਨਵਤਨ ਨਿਰਮਲਾ ਮੈਲਾ ਕਬਹੂੰ ਨ ਹੋਇ ॥ ਨਾਨਕ ਇਹ ਬਿਧਿ ਛੁਟੀਐ ਨਦਰਿ ਤੇਰੀ ਸੁਖੁ ਹੋਇ ॥੧॥ ਮਃ ੧ ॥ ਇਕੋ ਕੰਤੁ ਸਬਾਈਆ ਜਿਤੀ ਦਰਿ ਖੜੀਆਹ ॥ ਨਾਨਕ ਕੰਤੈ

ਰਤੀਆ ਪੁਛਹਿ ਬਾਤੜੀਆਹ ॥੨॥ ਮਃ ੧ ॥ ਸਭੇ ਕੰਤੈ ਰਤੀਆ ਮੈ ਦੋਹਾਗਣਿ ਕਿਤੁ ॥ ਮੈ ਤਨਿ ਅਵਗਣ ਏਤੜੇ ਖਸਮੁ ਨ ਫੇਰੇ ਚਿਤੁ ॥੩॥ ਮਃ ੧ ॥ ਹਉ ਬਲਿਹਾਰੀ ਤਿਨ ਕਉ ਸਿਫਤਿ ਜਿਨਾ ਦੈ ਵਾਤਿ ॥ ਸਭਿ ਰਾਤੀ ਸੋਹਾਗਣੀ ਇਕ ਮੈ ਦੋਹਾਗਣਿ ਰਾਤਿ ॥੪॥ ਪਉੜੀ ॥ ਦਰਿ ਮੰਗਤੁ ਜਾਚੈ ਦਾਨੁ ਹਰਿ ਦੀਜੈ ਕ੍ਰਿਪਾ ਕਰਿ ॥ ਗੁਰਮੁਖਿ ਲੇਹੁ ਮਿਲਾਇ ਜਨੁ ਪਾਵੈ ਨਾਮੁ ਹਰਿ ॥ ਅਨਹਦ ਸਬਦੁ ਵਜਾਇ ਜੋਤੀ ਜੋਤਿ ਧਰਿ ॥ ਹਿਰਦੈ ਹਰਿ ਗੁਣ ਗਾਇ ਜੈ ਜੈ ਸਬਦੁ ਹਰਿ ॥ ਜਗ ਮਹਿ ਵਰਤੈ ਆਪਿ ਹਰਿ ਸੇਤੀ ਪ੍ਰੀਤਿ ਕਰਿ ॥੧੫॥ ਸਲੋਕ ਮਃ ੧ ॥ ਜਿਨੀ ਨ ਪਾਇਓ ਪ੍ਰੇਮ ਰਸੁ ਕੰਤ ਨ ਪਾਇਓ ਸਾਉ ॥ ਸੁੰਞੇ ਘਰ ਕਾ ਪਾਹੁਣਾ ਜਿਉ ਆਇਆ ਤਿਉ ਜਾਉ ॥੧॥ ਮਃ ੧ ॥ ਸਉ ਓਲਾਮ੍ਹ੍ਹੇ ਦਿਨੈ ਕੇ ਰਾਤੀ ਮਿਲਨ੍ਹ੍ਹਿ ਸਹੰਸ ॥ ਸਿਫਤਿ ਸਲਾਹਣੁ ਛਡਿ ਕੈ ਕਰੰਗੀ ਲਗਾ ਹੰਸੁ ॥ ਫਿਟੁ ਇਵੇਹਾ ਜੀਵਿਆ ਜਿਤੁ ਖਾਇ ਵਧਾਇਆ ਪੇਟੁ ॥ ਨਾਨਕ ਸਚੇ ਨਾਮ ਵਿਣੁ ਸਭੋ ਦੁਸਮਨੁ ਹੇਤੁ ॥੨॥ ਪਉੜੀ ॥ ਢਾਢੀ ਗੁਣ ਗਾਵੈ ਨਿਤ ਜਨਮੁ ਸਵਾਰਿਆ ॥ ਗੁਰਮੁਖਿ ਸੇਵਿ ਸਲਾਹਿ ਸਚਾ ਉਰ ਧਾਰਿਆ ॥ ਘਰੁ ਦਰੁ ਪਾਵੈ ਮਹਲੁ ਨਾਮੁ ਪਿਆਰਿਆ ॥ ਗੁਰਮੁਖਿ ਪਾਇਆ ਨਾਮੁ ਹਉ ਗੁਰ ਕਉ ਵਾਰਿਆ ॥ ਤੂ ਆਪਿ ਸਵਾਰਹਿ ਆਪਿ ਸਿਰਜਨਹਾਰਿਆ ॥੧੬॥ ਸਲੋਕ ਮਃ ੧ ॥ ਦੀਵਾ ਬਲੈ ਅੰਧੇਰਾ ਜਾਇ ॥ ਬੇਦ ਪਾਠ ਮਤਿ ਪਾਪਾ ਖਾਇ ॥ ਉਗਵੈ ਸੂਰੁ ਨ ਜਾਪੈ ਚੰਦੁ ॥ ਜਹ ਗਿਆਨ ਪ੍ਰਗਾਸੁ ਅਗਿਆਨੁ ਮਿਟੰਤੁ ॥ ਬੇਦ ਪਾਠ ਸੰਸਾਰ ਕੀ ਕਾਰ ॥ ਪੜ੍ਹ੍ਹਿ ਪੜ੍ਹ੍ਹਿ ਪੰਡਿਤ ਕਰਹਿ ਬੀਚਾਰ ॥ ਬਿਨੁ ਬੂਝੇ ਸਭ ਹੋਇ ਖੁਆਰ ॥ ਨਾਨਕ ਗੁਰਮੁਖਿ ਉਤਰਸਿ ਪਾਰਿ ॥੧॥ ਮਃ ੧ ॥ ਸਬਦੈ ਸਾਦੁ ਨ ਆਇਓ ਨਾਮਿ ਨ ਲਗੋ ਪਿਆਰੁ ॥ ਰਸਨਾ ਫਿਕਾ ਬੋਲਣਾ ਨਿਤ ਨਿਤ ਹੋਇ ਖੁਆਰੁ ॥ ਨਾਨਕ ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰੁ ॥੨॥ ਪਉੜੀ ॥ ਜਿ ਪ੍ਰਭੁ ਸਲਾਹੇ ਆਪਣਾ ਸੋ ਸੋਭਾ ਪਾਏ ॥ ਹਉਮੈ ਵਿਚਹੁ ਦੂਰਿ ਕਰਿ ਸਚੁ ਮੰਨਿ ਵਸਾਏ ॥ ਸਚੁ ਬਾਣੀ ਗੁਣ ਉਚਰੈ ਸਚਾ ਸੁਖੁ ਪਾਏ ॥ ਮੇਲੁ ਭਇਆ ਚਿਰੀ ਵਿਛੁੰਨਿਆ ਗੁਰ ਪੁਰਖਿ ਮਿਲਾਏ ॥ ਮਨੁ ਮੈਲਾ ਇਵ ਸੁਧੁ ਹੈ ਹਰਿ ਨਾਮੁ ਧਿਆਏ ॥੧੭॥ ਸਲੋਕ ਮਃ ੧ ॥ ਕਾਇਆ ਕੂਮਲ ਫੁਲ ਗੁਣ ਨਾਨਕ ਗੁਪਸਿ ਮਾਲ ॥ ਏਨੀ ਫੁਲੀ ਰਉ ਕਰੇ ਅਵਰ ਕਿ ਚੁਣੀਅਹਿ ਡਾਲ ॥੧॥

ਮਹਲਾ ੨ ॥--

ਸਲੋਕ ਮਃ ੧ ॥ ਪਹਿਲ ਬਸੰਤੈ ਆਗਮਨਿ ਪਹਿਲਾ ਮਉਲਿਓ ਸੋਇ ॥ ਜਿਤੁ ਮਉਲਿਐ ਸਭ ਮਉਲੀਐ ਤਿਸਹਿ ਨ ਮਉਲਿਹੁ ਕੋਇ ॥ ੧॥

ਮਃ ੨ --

ਅੰਗ 792 ਤੋਂ ਰਾਗੁ ਸੂਹੀ ਬਾਣੀ ਸ੍ਰੀ ਕਬੀਰ ਜੀਉ ਤਥਾ ਸਭਨਾ ਭਗਤਾ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 794 ਤੱਕ ਹੈ।

ਅੰਗ 794 'ਤੇ ਰਾਗੁ ਸੂਹੀ ਬਾਣੀ ਸੇਖ ਫਰੀਦ ਜੀ ਕੀ ਦਰਜ ਹੈ।

ਰਾਗੁ ਬਿਲਾਵਲੁ ਮਹਲਾ ੧

ਅੰਗ 795 ਤੋਂ ਰਾਗੁ ਬਿਲਾਵਲੁ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 796 ਤੱਕ ਹੈ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧ ॥

ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ ॥੧॥ ਤੇਰੇ ਗੁਣ ਗਾਵਾ ਦੇਹਿ ਬੁਝਾਈ ॥ ਜੈਸੇ ਸਚ ਮਹਿ ਰਹਉ ਰਜਾਈ ॥੧॥ ਰਹਾਉ ॥ ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ ॥ ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ ॥੨॥ ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ ॥ ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ ॥੩॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥ ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ ॥ ੪॥੧॥ ਬਿਲਾਵਲੁ ਮਹਲਾ ੧ ॥ ਮਨੁ ਮੰਦਰੁ ਤਨੁ ਵੇਸ ਕਲੰਦਰੁ ਘਟ ਹੀ ਤੀਰਥਿ ਨਾਵਾ ॥ ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ ਬਾਹੁੜਿ ਜਨਮਿ ਨ ਆਵਾ ॥੧॥ ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ ॥ ਕਉਣੁ ਜਾਣੈ ਪੀਰ ਪਰਾਈ ॥ ਹਮ ਨਾਹੀ ਚਿੰਤ ਪਰਾਈ ॥੧॥ ਰਹਾਉ ॥ ਅਗਮ ਅਗੋਚਰ ਅਲਖ ਅਪਾਰਾ ਚਿੰਤਾ ਕਰਹੁ ਹਮਾਰੀ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਘਟਿ ਘਟਿ ਜੋਤਿ ਤੁਮ੍ਹਾਰੀ ॥੨॥ ਸਿਖ ਮਤਿ ਸਭ ਬੁਧਿ ਤੁਮ੍ਹਾਰੀ ਮੰਦਿਰ ਛਾਵਾ ਤੇਰੇ ॥ ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ ॥੩॥ ਜੀਅ ਜੰਤ ਸਭਿ ਸਰਣਿ ਤੁਮ੍ਹਾਰੀ ਸਰਬ ਚਿੰਤ ਤੁਧੁ ਪਾਸੇ ॥ ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ ॥੪॥੨॥ ਬਿਲਾਵਲੁ ਮਹਲਾ ੧ ॥ ਆਪੇ ਸਬਦੁ ਆਪੇ ਨੀਸਾਨੁ ॥ ਆਪੇ ਸੁਰਤਾ ਆਪੇ ਜਾਨੁ ॥ ਆਪੇ ਕਰਿ ਕਰਿ ਵੇਖੈ ਤਾਣੁ ॥ ਤੂ ਦਾਤਾ ਨਾਮੁ ਪਰਵਾਣੁ ॥੧॥ ਐਸਾ ਨਾਮੁ ਨਿਰੰਜਨ ਦੇਉ ॥ ਹਉ ਜਾਚਿਕੁ ਤੂ ਅਲਖ ਅਭੇਉ ॥੧॥ ਰਹਾਉ ॥ ਮਾਇਆ ਮੋਹੁ ਧਰਕਟੀ ਨਾਰਿ ॥ ਭੂੰਡੀ ਕਾਮਣਿ ਕਾਮਣਿਆਰਿ ॥ ਰਾਜੁ ਰੂਪੁ ਝੂਠਾ ਦਿਨ ਚਾਰਿ ॥ ਨਾਮੁ ਮਿਲੈ ਚਾਨਣੁ ਅੰਧਿਆਰਿ ॥੨॥ ਚਖਿ ਛੋਡੀ ਸਹਸਾ ਨਹੀ ਕੋਇ ॥ ਬਾਪੁ ਦਿਸੈ ਵੇਜਾਤਿ ਨ ਹੋਇ ॥ ਏਕੇ ਕਉ ਨਾਹੀ ਭਉ ਕੋਇ ॥

ਕਰਤਾ ਕਰੇ ਕਰਾਵੈ ਸੋਇ ॥੩॥ ਸਬਦਿ ਮੁਏ ਮਨੁ ਮਨ ਤੇ ਮਾਰਿਆ ॥ ਠਾਕਿ ਰਹੇ ਮਨੁ ਸਾਚੈ ਧਾਰਿਆ ॥ ਅਵਰੁ ਨ ਸੂਝੈ ਗੁਰ ਕਉ ਵਾਰਿਆ ॥ ਨਾਨਕ ਨਾਮਿ ਰਤੇ ਨਿਸਤਾਰਿਆ ॥੪॥੩॥ ਬਿਲਾਵਲੁ ਮਹਲਾ ੧ ॥ ਗੁਰ ਬਚਨੀ ਮਨੁ ਸਹਜ ਧਿਆਨੇ ॥ ਹਰਿ ਕੈ ਰੰਗਿ ਰਤਾ ਮਨੁ ਮਾਨੇ ॥ ਮਨਮੁਖ ਭਰਮਿ ਭੁਲੇ ਬਉਰਾਨੇ ॥ ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ ॥੧॥ ਬਿਨੁ ਦਰਸਨ ਕੈਸੇ ਜੀਵਉ ਮੇਰੀ ਮਾਈ ॥ ਹਰਿ ਬਿਨੁ ਜੀਅਰਾ ਰਹਿ ਨ ਸਕੈ ਖਿਨੁ ਸਤਿਗੁਰਿ ਬੂਝ ਬੁਝਾਈ ॥੧॥ ਰਹਾਉ ॥ ਮੇਰਾ ਪ੍ਰਭੁ ਬਿਸਰੈ ਹਉ ਮਰਉ ਦੁਖਾਲੀ ॥ ਸਾਸਿ ਗਿਰਾਸਿ ਜਪਉ ਅਪੁਨੇ ਹਰਿ ਭਾਲੀ ॥ ਸਦ ਬੈਰਾਗਨਿ ਹਰਿ ਨਾਮੁ ਨਿਹਾਲੀ ॥ ਅਬ ਜਾਨੇ ਗੁਰਮੁਖਿ ਹਰਿ ਨਾਲੀ ॥੨॥ ਅਕਥ ਕਥਾ ਕਹੀਐ ਗੁਰ ਭਾਇ ॥ ਪ੍ਰਭੁ ਅਗਮ ਅਗੋਚਰੁ ਦੇਇ ਦਿਖਾਇ ॥ ਬਿਨੁ ਗੁਰ ਕਰਣੀ ਕਿਆ ਕਾਰ ਕਮਾਇ ॥ ਹਉਮੈ ਮੇਟਿ ਚਲੈ ਗੁਰ ਸਬਦਿ ਸਮਾਇ ॥੩॥ ਮਨਮੁਖੁ ਵਿਛੁੜੈ ਖੋਟੀ ਰਾਸਿ ॥ ਗੁਰਮੁਖਿ ਨਾਮਿ ਮਿਲੈ ਸਾਬਾਸਿ ॥ ਹਰਿ ਕਿਰਪਾ ਧਾਰੀ ਦਾਸਨਿ ਦਾਸ ॥ ਜਨ ਨਾਨਕ ਹਰਿ ਨਾਮ ਧਨੁ ਰਾਸਿ ॥੪॥੪॥

ਅੰਗ 796 ਤੋਂ ਬਿਲਾਵਲੁ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 798 ਤੱਕ ਹੈ।

ਅੰਗ 798 ਤੋਂ ਰਾਗੁ ਬਿਲਾਵਲੁ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 801 ਤੱਕ ਹੈ।

ਅੰਗ 801 ਤੋਂ ਰਾਗੁ ਬਿਲਾਵਲੁ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 830 ਤੱਕ ਹੈ।

ਅੰਗ 830 ਤੋਂ ਰਾਗੁ ਬਿਲਾਵਲੁ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 831 ਤੱਕ ਹੈ।

ਬਿਲਾਵਲੁ ਅਸਟਪਦੀਆ ਮਹਲਾ ੧

ਅੰਗ 831 ਤੋਂ ਬਿਲਾਵਲੁ ਅਸਟਪਦੀਆ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 832 ਤੱਕ ਹੈ।

ਬਿਲਾਵਲੁ ਅਸਟਪਦੀਆ ਮਹਲਾ ੧ ਘਰੁ ੧੦ ੴ ਸਤਿਗੁਰ ਪ੍ਰਸਾਦਿ ॥

ਨਿਕਟਿ ਵਸੈ ਦੇਖੈ ਸਭੁ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਵਿਣੁ ਭੈ ਪਇਐ ਭਗਤਿ ਨ ਹੋਈ ॥ ਸਬਦਿ ਰਤੇ ਸਦਾ ਸੁਖੁ ਹੋਈ ॥੧॥ ਐਸਾ ਗਿਆਨੁ ਪਦਾਰਥੁ ਨਾਮੁ ॥ ਗੁਰਮੁਖਿ ਪਾਵਸਿ ਰਸਿ ਰਸਿ ਮਾਨੁ ॥੧॥ ਰਹਾਉ ॥ ਗਿਆਨੁ ਗਿਆਨੁ ਕਥੈ ਸਭੁ ਕੋਈ ॥ ਕਥਿ ਕਥਿ ਬਾਦੁ ਕਰੇ ਦੁਖੁ ਹੋਈ ॥ ਕਥਿ ਕਹਣੈ ਤੇ ਰਹੈ ਨ ਕੋਈ ॥ ਬਿਨੁ ਰਸ ਰਾਤੇ ਮੁਕਤਿ ਨ ਹੋਈ ॥੨॥ ਗਿਆਨੁ ਧਿਆਨੁ ਸਭੁ ਗੁਰ ਤੇ ਹੋਈ ॥ ਸਾਚੀ ਰਹਤ ਸਾਚਾ ਮਨਿ ਸੋਈ ॥ ਮਨਮੁਖ ਕਥਨੀ ਹੈ ਪਰੁ ਰਹਤ ਨ ਹੋਈ ॥ ਨਾਵਹੁ ਭੂਲੇ ਥਾਉ ਨ ਕੋਈ ॥੩॥ ਮਨੁ ਮਾਇਆ ਬੰਧਿਓ ਸਰ ਜਾਲਿ ॥ ਘਟਿ ਘਟਿ ਬਿਆਪਿ ਰਹਿਓ ਬਿਖੁ ਨਾਲਿ ॥ ਜੋ ਆਂਜੈ ਸੋ ਦੀਸੈ ਕਾਲਿ ॥ ਕਾਰਜੁ ਸੀਧੋ ਰਿਦੈ ਸਮ੍ਹਾਲਿ ॥੪॥ ਸੋ ਗਿਆਨੀ ਜਿਨਿ ਸਬਦਿ ਲਿਵ ਲਾਈ ॥ ਮਨਮੁਖਿ ਹਉਮੈ ਪਤਿ ਗਵਾਈ ॥ ਆਪੇ ਕਰਤੈ ਭਗਤਿ ਕਰਾਈ ॥ ਗੁਰਮੁਖਿ ਆਪੇ ਦੇ ਵਡਿਆਈ ॥੫॥ ਰੈਣਿ ਅੰਧਾਰੀ ਨਿਰਮਲ ਜੋਤਿ ॥ ਨਾਮ ਬਿਨਾ ਝੂਠੇ ਕੁਚਲ ਕਛੋਤਿ ॥ ਬੇਦੁ ਪੁਕਾਰੈ ਭਗਤਿ ਸਰੋਤਿ ॥ ਸੁਣਿ ਸੁਣਿ ਮਾਨੈ ਵੇਖੈ ਜੋਤਿ ॥੬॥ ਸਾਸਤ੍ਰ ਸਿਮ੍ਰਿਤਿ ਨਾਮੁ ਦ੍ਰਿੜਾਮੰ ॥ ਗੁਰਮੁਖਿ ਸਾਂਤਿ ਊਤਮ ਕਰਾਮੰ ॥ ਮਨਮੁਖਿ ਜੋਨੀ

ਦੂਖ ਸਹਾਮੰ ॥ ਬੰਧਨ ਤੂਟੇ ਇਕੁ ਨਾਮੁ ਵਸਾਮੰ ॥੭॥ ਮੰਨੇ ਨਾਮੁ ਸਚੀ ਪਤਿ ਪੂਜਾ ॥ ਕਿਸੁ ਵੇਖਾ ਨਾਹੀ ਕੋ ਦੂਜਾ ॥ ਦੇਖਿ ਕਹਉ ਭਾਵੈ ਮਨਿ ਸੋਇ ॥ ਨਾਨਕੁ ਕਹੈ ਅਵਰੁ ਨਹੀ ਕੋਇ ॥੮॥੧॥ ਬਿਲਾਵਲੁ ਮਹਲਾ ੧ ॥ ਮਨ ਕਾ ਕਹਿਆ ਮਨਸਾ ਕਰੈ ॥ ਇਹੁ ਮਨੁ ਪੁੰਨੁ ਪਾਪੁ ਉਚਰੈ ॥ ਮਾਇਆ ਮਦਿ ਮਾਤੇ ਤ੍ਰਿਪਤਿ ਨ ਆਵੈ ॥ ਤ੍ਰਿਪਤਿ ਮੁਕਤਿ ਮਨਿ ਸਾਚਾ ਭਾਵੈ ॥੧॥ ਤਨੁ ਧਨੁ ਕਲਤੁ ਸਭੁ ਦੇਖੁ ਅਭਿਮਾਨਾ ॥ ਬਿਨੁ ਨਾਵੈ ਕਿਛੁ ਸੰਗਿ ਨ ਜਾਨਾ ॥੧॥ ਰਹਾਉ ॥ ਕੀਚਹਿ ਰਸ ਭੋਗ ਖੁਸੀਆ ਮਨ ਕੇਰੀ ॥ ਧਨੁ ਲੋਕਾਂ ਤਨੁ ਭਸਮੈ ਢੇਰੀ ॥ ਖਾਕੂ ਖਾਕੁ ਰਲੈ ਸਭੁ ਫੈਲੁ ॥ ਬਿਨੁ ਸਬਦੈ ਨਹੀ ਉਤਰੈ ਮੈਲੁ ॥੨॥ ਗੀਤ ਰਾਗ ਘਨ ਤਾਲ ਸਿ ਕੂਰੇ ॥ ਤ੍ਰਿਹੁ ਗੁਣ ਉਪਜੈ ਬਿਨਸੈ ਦੂਰੇ ॥ ਦੂਜੀ ਦੁਰਮਤਿ ਦਰਦੁ ਨ ਜਾਇ ॥ ਛੂਟੈ ਗੁਰਮੁਖਿ ਦਾਰੂ ਗੁਣ ਗਾਇ ॥੩॥ ਧੋਤੀ ਊਜਲ ਤਿਲਕੁ ਗਲਿ ਮਾਲਾ ॥ ਅੰਤਰਿ ਕ੍ਰੋਧੁ ਪੜਹਿ ਨਾਟ ਸਾਲਾ ॥ ਨਾਮੁ ਵਿਸਾਰਿ ਮਾਇਆ ਮਦੁ ਪੀਆ ॥ ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ ॥੪॥ ਸੂਕਰ ਸੁਆਨ ਗਰਧਭ ਮੰਜਾਰਾ ॥ ਪਸੂ ਮਲੇਛ ਨੀਚ ਚੰਡਾਲਾ ॥ ਗੁਰ ਤੇ ਮੁਹੁ ਫੇਰੇ ਤਿਨ੍ ਜੋਨਿ ਭਵਾਈਐ ॥ ਬੰਧਨਿ ਬਾਧਿਆ ਆਈਐ ਜਾਈਐ ॥੫॥ ਗੁਰ ਸੇਵਾ ਤੇ ਲਹੈ ਪਦਾਰਥੁ ॥ ਹਿਰਦੈ ਨਾਮੁ ਸਦਾ ਕਿਰਤਾਰਥੁ ॥ ਸਾਚੀ ਦਰਗਹ ਪੂਛ ਨ ਹੋਇ ॥ ਮਾਨੇ ਹੁਕਮੁ ਸੀਝੈ ਦਰਿ ਸੋਇ ॥੬॥ ਸਤਿਗੁਰੁ ਮਿਲੈ ਤ ਤਿਸ ਕਉ ਜਾਣੈ ॥ ਰਹੈ ਰਜਾਈ ਹੁਕਮੁ ਪਛਾਣੈ ॥ ਹੁਕਮੁ ਪਛਾਣਿ ਸਚੈ ਦਰਿ ਵਾਸੁ ॥ ਕਾਲ ਬਿਕਾਲ ਸਬਦਿ ਭਏ ਨਾਸੁ ॥੭॥ ਰਹੈ ਅਤੀਤੁ ਜਾਣੈ ਸਭੁ ਤਿਸ ਕਾ ॥ ਤਨੁ ਮਨੁ ਅਰਪੈ ਹੈ ਇਹੁ ਜਿਸ ਕਾ ॥ ਨਾ ਓਹੁ ਆਵੈ ਨਾ ਓਹੁ ਜਾਇ ॥ ਨਾਨਕ ਸਾਚੇ ਸਾਚਿ ਸਮਾਇ ॥੮॥੨॥

ਅੰਗ 832 ਤੋਂ ਬਿਲਾਵਲੁ ਮਹਲਾ ੩ ਅਸਟਪਦੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 833 ਤੱਕ ਹੈ।

ਅੰਗ 833 ਤੋਂ ਬਿਲਾਵਲੁ ਮਹਲਾ ੪ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 837 ਤੱਕ ਹੈ।

ਅੰਗ 837 ਤੋਂ ਰਾਗੁ ਬਿਲਾਵਲੁ ਮਹਲਾ ੫ ਅਸਟਪਦੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 838 ਤੱਕ ਹੈ।

ਬਿਲਾਵਲੁ ਮਹਲਾ ੧ ਥਿਤੀ

ਅੰਗ 838 ਤੋਂ ਬਿਲਾਵਲੁ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 840 ਤੱਕ ਹੈ।

ਬਿਲਾਵਲੁ ਮਹਲਾ ੧ ਥਿਤੀ ਘਰੁ ੧੦ ਜਤਿ ੴ ਸਤਿਗੁਰ ਪ੍ਰਸਾਦਿ ॥

ਏਕਮ ਏਕੰਕਾਰੁ ਨਿਰਾਲਾ ॥ ਅਮਰੁ ਅਜੋਨੀ ਜਾਤਿ ਨ ਜਾਲਾ ॥ ਅਗਮ ਅਗੋਚਰੁ ਰੂਪੁ ਨ ਰੇਖਿਆ ॥ ਖੋਜਤ ਖੋਜਤ ਘਟਿ ਘਟਿ ਦੇਖਿਆ ॥ ਜੋ ਦੇਖਿ ਦਿਖਾਵੈ ਤਿਸ ਕਉ ਬਲਿ ਜਾਈ ॥ ਗੁਰ ਪਰਸਾਦਿ ਪਰਮ ਪਦੁ ਪਾਈ ॥੧॥ ਕਿਆ ਜਪੁ ਜਾਪਉ ਬਿਨੁ ਜਗਦੀਸੈ ॥ ਗੁਰ ਕੈ ਸਬਦਿ ਮਹਲੁ ਘਰੁ ਦੀਸੈ ॥੧॥ ਰਹਾਉ ॥ ਦੂਜੈ ਭਾਇ ਲਗੇ ਪਛੁਤਾਣੇ ॥ ਜਮ ਦਰਿ ਬਾਧੇ ਆਵਣ ਜਾਣੇ ॥ ਕਿਆ ਲੈ ਆਵਹਿ ਕਿਆ ਲੇ ਜਾਹਿ ॥ ਸਿਰਿ ਜਮਕਾਲੁ ਸਿ ਚੋਟਾ ਖਾਹਿ ॥ ਬਿਨੁ ਗੁਰ ਸਬਦ ਨ ਛੂਟਸਿ ਕੋਇ ॥ ਪਾਖੰਡਿ ਕੀਨ੍ਹੈ ਮੁਕਤਿ ਨ ਹੋਇ ॥੨॥ ਆਪੇ ਸਚੁ ਕੀਆ ਕਰ ਜੋੜਿ ॥ ਅੰਡਜ ਫੋੜਿ ਜੋੜਿ ਵਿਛੋੜਿ ॥ ਧਰਤਿ ਅਕਾਸੁ ਕੀਏ ਬੈਸਣ ਕਉ ਥਾਉ ॥ ਰਾਤਿ ਦਿਨੰਤੁ ਕੀਏ ਭਉ ਭਾਉ ॥ ਜਿਨਿ ਕੀਏ ਕਰਿ ਵੇਖਣਹਾਰਾ ॥ ਅਵਰੁ ਨ ਦੂਜਾ ਸਿਰਜਣਹਾਰਾ ॥੩॥ ਤ੍ਰਿਤੀਆ ਬ੍ਰਹਮਾ ਬਿਸਨੁ ਮਹੇਸਾ ॥ ਦੇਵੀ ਦੇਵ ਉਪਾਏ ਵੇਸਾ ॥ ਜੋਤੀ ਜਾਤੀ ਗਣਤ ਨ ਆਵੈ ॥ ਜਿਨਿ ਸਾਜੀ ਸੋ ਕੀਮਤਿ ਪਾਵੈ ॥ ਕੀਮਤਿ ਪਾਇ ਰਹਿਆ ਭਰਪੂਰਿ

॥ ਕਿਸੁ ਨੇੜੈ ਕਿਸੁ ਆਖਾ ਦੂਰਿ ॥੪॥ ਚਉਥਿ ਉਪਾਏ ਚਾਰੇ ਬੇਦਾ ॥ ਖਾਣੀ ਚਾਰੇ ਬਾਣੀ ਭੇਦਾ ॥ ਅਸਟ ਦਸਾ ਖਟੁ ਤੀਨਿ ਉਪਾਏ ॥ ਸੋ ਬੂਝੈ ਜਿਸੁ ਆਪਿ ਬੁਝਾਏ ॥ ਤੀਨਿ ਸਮਾਵੈ ਚਉਥੈ ਵਾਸਾ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ ॥੫॥ ਪੰਚਮੀ ਪੰਚ ਭੂਤ ਬੇਤਾਲਾ ॥ ਆਪਿ ਅਗੋਚਰੁ ਪੁਰਖੁ ਨਿਰਾਲਾ ॥ ਇਕਿ ਭ੍ਰਮਿ ਭੂਖੇ ਮੋਹ ਪਿਆਸੇ ॥ ਇਕਿ ਰਸੁ ਚਾਖਿ ਸਬਦਿ ਤ੍ਰਿਪਤਾਸੇ ॥ ਇਕਿ ਰੰਗਿ ਰਾਤੇ ਇਕਿ ਮਰਿ ਧੂਰਿ ॥ ਇਕਿ ਦਰਿ ਘਰਿ ਸਾਚੈ ਦੇਖਿ ਹਦੂਰਿ ॥੬॥ ਝੂਠੇ ਕਉ ਨਾਹੀ ਪਤਿ ਨਾਉ ॥ ਕਬਹੁ ਨ ਸੂਚਾ ਕਾਲਾ ਕਾਉ ॥ ਪਿੰਜਰਿ ਪੰਖੀ ਬੰਧਿਆ ਕੋਇ ॥ ਛੇਰੀਂ ਭਰਮੈ ਮੁਕਤਿ ਨ ਹੋਇ ॥ ਤਉ ਛੂਟੈ ਜਾ ਖਸਮੁ ਛਡਾਏ ॥ ਗੁਰਮਤਿ ਮੇਲੇ ਭਗਤਿ ਦ੍ਰਿੜਾਏ ॥੭॥ ਖਸਟੀ ਖਟੁ ਦਰਸਨ ਪ੍ਰਭ ਸਾਜੇ ॥ ਅਨਹਦ ਸਬਦੁ ਨਿਰਾਲਾ ਵਾਜੇ ॥ ਜੇ ਪ੍ਰਭ ਭਾਵੈ ਤਾ ਮਹਲਿ ਬੁਲਾਵੈ ॥ ਸਬਦੇ ਭੇਦੇ ਤਉ ਪਤਿ ਪਾਵੈ ॥ ਕਰਿ ਕਰਿ ਵੇਸ ਖਪਹਿ ਜਲਿ ਜਾਵਹਿ ॥ ਸਾਚੈ ਸਾਚੇ ਸਾਚਿ ਸਮਾਵਹਿ ॥੮॥ ਸਪਤਮੀ ਸਤੁ ਸੰਤੋਖੁ ਸਰੀਰਿ ॥ ਸਾਤ ਸਮੁੰਦ ਭਰੇ ਨਿਰਮਲ ਨੀਰਿ ॥ ਮਜਨੁ ਸੀਲੁ ਸਚੁ ਰਿਦੈ ਵੀਚਾਰਿ ॥ ਗੁਰ ਕੈ ਸਬਦਿ ਪਾਵੈ ਸਭਿ ਪਾਰਿ ॥ ਮਨਿ ਸਾਚਾ ਮੁਖਿ ਸਾਚਉ ਭਾਇ ॥ ਸਚੁ ਨੀਸਾਣੈ ਠਾਕ ਨ ਪਾਇ ॥੯॥ ਅਸਟਮੀ ਅਸਟ ਸਿਧਿ ਬੁਧਿ ਸਾਧੈ ॥ ਸਚੁ ਨਿਹਕੇਵਲੁ ਕਰਮਿ ਅਰਾਧੈ ॥ ਪਉਣ ਪਾਣੀ ਅਗਨੀ ਬਿਸਰਾਉ ॥ ਤਹੀ ਨਿਰੰਜਨੁ ਸਾਚੋ ਨਾਉ ॥ ਤਿਸੁ ਮਹਿ ਮਨੂਆ ਰਹਿਆ ਲਿਵ ਲਾਇ ॥ ਪ੍ਰਣਵਤਿ ਨਾਨਕੁ ਕਾਲੁ ਨ ਖਾਇ ॥੧੦॥ ਨਾਉ ਨਉਮੀ ਨਵੇ ਨਾਥ ਨਵ ਖੰਡਾ ॥ ਘਟਿ ਘਟਿ ਨਾਥੁ ਮਹਾ ਬਲਵੰਡਾ ॥ ਆਈ ਪੂਤਾ ਇਹੁ ਜਗੁ ਸਾਰਾ ॥ ਪ੍ਰਭ ਆਦੇਸੁ ਆਦਿ ਰਖਵਾਰਾ ॥ ਆਦਿ ਜੁਗਾਦੀ ਹੈ ਭੀ ਹੋਗੁ ॥ ਓਹੁ ਅਪਰੰਪਰੁ ਕਰਣੈ ਜੋਗੁ ॥੧੧॥ ਦਸਮੀ ਨਾਮੁ ਦਾਨੁ ਇਸਨਾਨੁ ॥ ਅਨਦਿਨੁ ਮਜਨੁ ਸਚਾ ਗੁਣ ਗਿਆਨੁ ॥ ਸਚਿ ਮੈਲੁ ਨ ਲਾਗੈ ਭ੍ਰਮੁ ਭਉ ਭਾਗੈ ॥ ਬਿਲਮੁ ਨ ਤੂਟਸਿ ਕਾਚੈ ਤਾਗੈ ॥ ਜਿਉ ਤਾਗਾ ਜਗੁ ਏਵੈ ਜਾਣਹੁ ॥ ਅਸਥਿਰੁ ਚੀਤੁ ਸਾਚਿ ਰੰਗੁ ਮਾਣਹੁ ॥੧੨॥ ਏਕਾਦਸੀ ਇਕੁ ਰਿਦੈ ਵਸਾਵੈ ॥ ਹਿੰਸਾ ਮਮਤਾ ਮੋਹੁ ਚੁਕਾਵੈ ॥ ਫਲੁ ਪਾਵੈ ਬ੍ਰਤੁ ਆਤਮ ਚੀਨੈ ॥ ਪਾਖੰਡਿ ਰਾਚਿ ਤਤੁ ਨਹੀ ਬੀਨੈ ॥ ਨਿਰਮਲੁ ਨਿਰਾਹਾਰੁ ਨਿਹਕੇਵਲੁ ॥ ਸੂਚੈ ਸਾਚੇ ਨਾ ਲਾਗੈ ਮਲੁ ॥੧੩॥ ਜਹ ਦੇਖਉ ਤਹ ਏਕੋ ਏਕਾ ॥ ਹੋਰਿ ਜੀਅ ਉਪਾਏ ਵੇਕੋ ਵੇਕਾ ॥ ਫਲੋਹਾਰ ਕੀਏ ਫਲੁ ਜਾਇ ॥ ਰਸ ਕਸ ਖਾਏ ਸਾਦੁ

ਗਾਵਇ ॥ ਕੂੜੈ ਲਾਲਚਿ ਲਪਟੈ ਲਪਟਾਇ ॥ ਛੂਟੈ ਗੁਰਮੁਖਿ ਸਾਚੁ ਕਮਾਇ ॥੧੪॥ ਦੁਆਦਸਿ ਮੁਦ੍ਰਾ ਮਨੁ ਅਉਧੂਤਾ ॥ ਅਹਿਨਿਸਿ ਜਾਗਹਿ ਕਬਹਿ ਨ ਸੂਤਾ ॥ ਜਾਗਤੁ ਜਾਗਿ ਰਹੈ ਲਿਵ ਲਾਇ ॥ ਗੁਰ ਪਰਚੈ ਤਿਸੁ ਕਾਲੁ ਨ ਖਾਇ ॥ ਅਤੀਤ ਭਏ ਮਾਰੇ ਬੈਰਾਈ ॥ ਪ੍ਰਣਵਤਿ ਨਾਨਕ ਤਹ ਲਿਵ ਲਾਈ ॥੧੫॥ ਦੁਆਦਸੀ ਦਇਆ ਦਾਨੁ ਕਰਿ ਜਾਣੈ ॥ ਬਾਹਰਿ ਜਾਤੋ ਭੀਤਰਿ ਆਣੈ ॥ ਬਰਤੀ ਬਰਤ ਰਹੈ ਨਿਹਕਾਮ ॥ ਅਜਪਾ ਜਾਪੁ ਜਪੈ ਮੁਖਿ ਨਾਮ ॥ ਤੀਨਿ ਭਵਣ ਮਹਿ ਏਕੋ ਜਾਣੈ ॥ ਸਭਿ ਸੁਚਿ ਸੰਜਮ ਸਾਚੁ ਪਛਾਣੈ ॥੧੬॥ ਤੇਰਸਿ ਤਰਵਰ ਸਮੁਦ ਕਨਾਰੈ ॥ ਅੰਮ੍ਰਿਤੁ ਮੂਲੁ ਸਿਖਰਿ ਲਿਵ ਤਾਰੈ ॥ ਡਰ ਡਰਿ ਮਰੈ ਨ ਬੂਡੈ ਕੋਇ ॥ ਨਿਡਰੁ ਬੂਡਿ ਮਰੈ ਪਤਿ ਖੋਇ ॥ ਡਰ ਮਹਿ ਘਰੁ ਘਰ ਮਹਿ ਡਰੁ ਜਾਣੈ ॥ ਤਖਤਿ ਨਿਵਾਸੁ ਸਚੁ ਮਨਿ ਭਾਣੈ ॥੧੭॥ ਚਉਦਸਿ ਚਉਥੇ ਥਾਵਹਿ ਲਹਿ ਪਾਵੈ ॥ ਰਾਜਸ ਤਾਮਸ ਸਤ ਕਾਲ ਸਮਾਵੈ ॥ ਸਸੀਅਰ ਕੈ ਘਰਿ ਸੂਰੁ ਸਮਾਵੈ ॥ ਜੋਗ ਜੁਗਤਿ ਕੀ ਕੀਮਤਿ ਪਾਵੈ ॥ ਚਉਦਸਿ ਭਵਨ ਪਾਤਾਲ ਸਮਾਏ ॥ ਖੰਡ ਬ੍ਰਹਮੰਡ ਰਹਿਆ ਲਿਵ ਲਾਏ ॥੧੮॥ ਅਮਾਵਸਿਆ ਚੰਦੁ ਗੁਪਤੁ ਗੈਣਾਰਿ ॥ ਬੂਝਹੁ ਗਿਆਨੀ ਸਬਦੁ ਬੀਚਾਰਿ ॥ ਸਸੀਅਰੁ ਗਗਨਿ ਜੋਤਿ ਤਿਹੁ ਲੋਈ ॥ ਕਰਿ ਕਰਿ ਵੇਖੈ ਕਰਤਾ ਸੋਈ ॥ ਗੁਰ ਤੇ ਦੀਸੈ ਸੋ ਤਿਸ ਹੀ ਮਾਹਿ ॥ ਮਨਮੁਖਿ ਭੂਲੇ ਆਵਹਿ ਜਾਹਿ ॥੧੯॥ ਘਰੁ ਦਰੁ ਥਾਪਿ ਥਿਰੁ ਥਾਨਿ ਸੁਹਾਵੈ ॥ ਆਪੁ ਪਛਾਣੈ ਜਾ ਸਤਿਗੁਰੁ ਪਾਵੈ ॥ ਜਹ ਆਸਾ ਤਹ ਬਿਨਸਿ ਬਿਨਾਸਾ ॥ ਫੂਟੈ ਖਪਰੁ ਦੁਬਿਧਾ ਮਨਸਾ ॥ ਮਮਤਾ ਜਾਲ ਤੇ ਰਹੈ ਉਦਾਸਾ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ ॥੨੦॥੧॥

ਅੰਗ 841 ਤੋਂ ਬਿਲਾਵਲੁ ਮਹਲਾ ੩ ਵਾਰ ਸਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 843 ਤੱਕ ਹੈ।

ਬਿਲਾਵਲੁ ਮਹਲਾ ੧ ਛੰਤ ਦਖਣੀ

ਅੰਗ 843 ਤੋਂ ਬਿਲਾਵਲੁ ਮਹਲਾ ੧ ਛੰਤ ਦਖਣੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 844 ਤੱਕ ਹੈ।

ਬਿਲਾਵਲੁ ਮਹਲਾ ੧ ਛੰਤ ਦਖਣੀ ੴ ਸਤਿਗੁਰ ਪ੍ਰਸਾਦਿ ॥

ਮੁੰਧ ਨਵੇਲੜੀਆ ਗੋਇਲਿ ਆਈ ਰਾਮ ॥ ਮਟੁਕੀ ਡਾਰਿ ਧਰੀ ਹਰਿ ਲਿਵ ਲਾਈ ਰਾਮ ॥ ਲਿਵ ਲਾਇ ਹਰਿ ਸਿਉ ਰਹੀ ਗੋਇਲਿ ਸਹਜਿ ਸਬਦਿ ਸੀਗਾਰੀਆ ॥ ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਮਿਲਹੁ ਸਾਚਿ ਪਿਆਰੀਆ ॥ ਧਨ ਭਾਇ ਭਗਤੀ ਦੇਖਿ ਪ੍ਰੀਤਮ ਕਾਮ ਕ੍ਰੋਧੁ ਨਿਵਾਰਿਆ ॥ ਨਾਨਕ ਮੁੰਧ ਨਵੇਲ ਸੁੰਦਰਿ ਦੇਖਿ ਪਿਰੁ ਸਾਧਾਰਿਆ ॥੧॥ ਸਚਿ ਨਵੇਲੜੀਏ ਜੋਬਨਿ ਬਾਲੀ ਰਾਮ ॥ ਆਉ ਨ ਜਾਉ ਕਹੀ ਅਪਨੇ ਸਹ ਨਾਲੀ ਰਾਮ ॥ ਨਾਹ ਅਪਨੇ ਸੰਗਿ ਦਾਸੀ ਮੈ ਭਗਤਿ ਹਰਿ ਕੀ ਭਾਵਏ ॥ ਅਗਾਧਿ ਬੋਧਿ ਅਕਥੁ ਕਥੀਐ ਸਹਜਿ ਪ੍ਰਭ ਗੁਣ ਗਾਵਏ ॥ ਰਾਮ ਨਾਮ ਰਸਾਲ ਰਸੀਆ ਰਵੈ ਸਾਚਿ ਪਿਆਰੀਆ ॥ ਗੁਰਿ ਸਬਦੁ ਦੀਆ ਦਾਨੁ ਕੀਆ ਨਾਨਕਾ ਵੀਚਾਰੀਆ ॥੨॥ ਸ੍ਰੀਧਰ ਮੋਹਿਅੜੀ ਪਿਰ ਸੰਗਿ ਸੂਤੀ ਰਾਮ ॥ ਗੁਰ ਕੈ ਭਾਇ ਚਲੋ ਸਾਚਿ ਸੰਗੂਤੀ ਰਾਮ ॥ ਧਨ ਸਾਚਿ ਸੰਗੂਤੀ ਹਰਿ ਸੰਗਿ ਸੂਤੀ ਸੰਗਿ ਸਖੀ ਸਹੇਲੀਆ ॥ ਇਕ ਭਾਇ ਇਕ ਮਨਿ ਨਾਮੁ ਵਸਿਆ ਸਤਿਗੁਰੂ ਹਮ ਮੇਲੀਆ ॥ ਦਿਨੁ ਰੈਣਿ ਘੜੀ ਨ ਚਸਾ ਵਿਸਰੈ ਸਾਸਿ ਸਾਸਿ ਨਿਰੰਜਨੋ ॥ ਸਬਦਿ ਜੋਤਿ ਜਗਾਇ ਦੀਪਕੁ ਨਾਨਕਾ ਭਉ ਭੰਜਨੋ ॥੩॥ ਜੋਤਿ ਸਬਾਇੜੀਏ ਤ੍ਰਿਭਵਣ ਸਾਰੇ ਰਾਮ ॥ ਘਟਿ ਘਟਿ ਰਵਿ ਰਹਿਆ ਅਲਖ ਅਪਾਰੇ ਰਾਮ ॥ ਅਲਖ ਅਪਾਰ ਅਪਾਰੁ ਸਾਚਾ ਆਪੁ ਮਾਰਿ ਮਿਲਾਈਐ ॥ ਹਉਮੈ ਮਮਤਾ ਲੋਭੁ ਜਾਲਹੁ ਸਬਦਿ ਮੈਲੁ ਚੁਕਾਈਐ ॥ ਦਰਿ ਜਾਇ ਦਰਸਨੁ ਕਰੀ ਭਾਣੈ ਤਾਰਿ ਤਾਰਣਹਾਰਿਆ ॥ ਹਰਿ ਨਾਮੁ ਅੰਮ੍ਰਿਤੁ ਚਾਖਿ ਤ੍ਰਿਪਤੀ ਨਾਨਕਾ ਉਰ ਧਾਰਿਆ ॥੪॥੧॥ ਬਿਲਾਵਲੁ ਮਹਲਾ ੧ ॥ ਮੈ ਮਨਿ ਚਾਉ ਘਣਾ ਸਾਚਿ ਵਿਗਾਸੀ ਰਾਮ ॥ ਮੋਹੀ ਪ੍ਰੇਮ ਪਿਰੇ ਪ੍ਰਭਿ ਅਬਿਨਾਸੀ ਰਾਮ ॥ ਅਵਿਗਤੋ ਹਰਿ ਨਾਥੁ ਨਾਥਹੁ ਤਿਸੈ ਭਾਵੈ ਸੋ ਥੀਐ ॥ ਕਿਰਪਾਲੁ ਸਦਾ ਦਇਆਲੁ ਦਾਤਾ ਜੀਆ ਅੰਦਰਿ

ਤੂੰ ਜੀਐ ॥ ਮੈ ਅਵਰੁ ਗਿਆਨੁ ਨ ਧਿਆਨੁ ਪੂਜਾ ਹਰਿ ਨਾਮੁ ਅੰਤਰਿ ਵਸਿ ਰਹੇ ॥ ਭੇਖੁ ਭਵਨੀ ਹਠੁ ਨ ਜਾਨਾ ਨਾਨਕਾ ਸਚੁ ਗਹਿ ਰਹੇ ॥੧॥ ਭਿੰਨੜੀ ਰੈਣਿ ਭਲੀ ਦਿਨਸ ਸੁਹਾਏ ਰਾਮ ॥ ਨਿਜ ਘਰਿ ਸੂਤੜੀਏ ਪਿਰਮੁ ਜਗਾਏ ਰਾਮ ॥ ਨਵ ਹਾਣਿ ਨਵ ਧਨ ਸਬਦਿ ਜਾਗੀ ਆਪਣੇ ਪਿਰ ਭਾਣੀਆ ॥ ਤਜਿ ਕੂੜੁ ਕਪਟੁ ਸੁਭਾਉ ਦੂਜਾ ਚਾਕਰੀ ਲੋਕਾਣੀਆ ॥ ਮੈ ਨਾਮੁ ਹਰਿ ਕਾ ਹਾਰੁ ਕੰਠੇ ਸਾਚ ਸਬਦੁ ਨੀਸਾਣਿਆ ॥ ਕਰ ਜੋੜਿ ਨਾਨਕੁ ਸਾਚੁ ਮਾਗੈ ਨਦਰਿ ਕਰਿ ਤੁਧੁ ਭਾਣਿਆ ॥੨॥ ਜਾਗੁ ਸਲੋਨੜੀਏ ਬੋਲੈ ਗੁਰਬਾਣੀ ਰਾਮ ॥ ਜਿਨਿ ਸੁਣਿ ਮੰਨਿਅੜੀ ਅਕਥ ਕਹਾਣੀ ਰਾਮ ॥ ਅਕਥ ਕਹਾਣੀ ਪਦੁ ਨਿਰਬਾਣੀ ਕੋ ਵਿਰਲਾ ਗੁਰਮੁਖਿ ਬੂਝਏ ॥ ਓਹੁ ਸਬਦਿ ਸਮਾਏ ਆਪੁ ਗਵਾਏ ਤ੍ਰਿਭਵਣ ਸੋਝੀ ਸੂਝਏ ॥ ਰਹੈ ਅਤੀਤੁ ਅਪਰੰਪਰਿ ਰਾਤਾ ਸਾਚੁ ਮਨਿ ਗੁਣ ਸਾਰਿਆ ॥ ਓਹੁ ਪੂਰਿ ਰਹਿਆ ਸਰਬ ਠਾਈ ਨਾਨਕਾ ਉਰਿ ਧਾਰਿਆ ॥੩॥ ਮਹਲਿ ਬੁਲਾਇੜੀਏ ਭਗਤਿ ਸਨੇਹੀ ਰਾਮ ॥ ਗੁਰਮਤਿ ਮਨਿ ਰਹਸੀ ਸੀਝਸਿ ਦੇਹੀ ਰਾਮ ॥ ਮਨੁ ਮਾਰਿ ਰੀਝੈ ਸਬਦਿ ਸੀਝੈ ਤ੍ਰੈ ਲੋਕ ਨਾਥੁ ਪਛਾਣਏ ॥ ਮਨੁ ਡੀਗਿ ਡੋਲਿ ਨ ਜਾਇ ਕਤ ਹੀ ਆਪਣਾ ਪਿਰੁ ਜਾਣਏ ॥ ਮੈ ਆਧਾਰੁ ਤੇਰਾ ਤੂ ਖਸਮੁ ਮੇਰਾ ਮੈ ਤਾਣੁ ਤਕੀਆ ਤੇਰਓ ॥ ਸਾਚਿ ਸੂਚਾ ਸਦਾ ਨਾਨਕ ਗੁਰ ਸਬਦਿ ਝਗਰੁ ਨਿਬੇਰਓ ॥੪॥੨॥

ਅੰਗ 844 ਤੇ ਛੰਤ ਬਿਲਾਵਲੁ ਮਹਲਾ ੪ ਮੰਗਲ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 845 ਤੱਕ ਹੈ।

ਅੰਗ 845 ਤੋਂ ਬਿਲਾਵਲੁ ਮਹਲਾ ੫ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 848 ਤੱਕ ਹੈ।

ਬਿਲਾਵਲੁ ਕੀ ਵਾਰ ਮਹਲਾ ੪

ਅੰਗ 849 ਤੋਂ ਬਿਲਾਵਲੁ ਕੀ ਵਾਰ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 855 ਤੱਕ ਹੈ। ਇਸ ਵਾਰ ਵਿਚ ਪਹਿਲੇ ਪਾਤਸ਼ਾਹ, ਤੀਜੇ ਪਾਸ਼ਾਹ ਅਤੇ ਚੌਥੇ ਪਾਤਸ਼ਾਹ ਦੀ ਬਾਣੀ ਹੈ।

ਬਿਲਾਵਲੁ ਕੀ ਵਾਰ ਮਹਲਾ ੪ ੴ ਸਤਿਗੁਰ ਪ੍ਰਸਾਦਿ ॥

ਸਲੋਕ ਮਃ ੪ --

ਮਃ ੩ ॥--

ਸਲੋਕ ਮਃ ੧ ॥ ਕੋਈ ਵਾਹੇ ਕੋ ਲੁਣੈ ਕੋ ਪਾਏ ਖਲਿਹਾਨਿ ॥ ਨਾਨਕ ਏਵ ਨ ਜਾਪਈ ਕੋਈ ਖਾਇ ਨਿਦਾਨਿ ॥੧॥ ਮਃ ੧ ॥ ਜਿਸੁ ਮਨਿ ਵਸਿਆ ਤਰਿਆ ਸੋਇ ॥ ਨਾਨਕ ਜੋ ਭਾਵੈ ਸੋ ਹੋਇ ॥੨॥ ਪਉੜੀ ॥ ਪਾਰਬ੍ਰਹਮਿ ਦਇਆਲਿ ਸਾਗਰੁ ਤਾਰਿਆ ॥ ਗੁਰਿ ਪੂਰੈ ਮਿਹਰਵਾਨਿ ਭਰਮੁ ਭਉ ਮਾਰਿਆ ॥ ਕਾਮ ਕ੍ਰੋਧੁ ਬਿਕਰਾਲੁ ਦੂਤ ਸਭਿ ਹਾਰਿਆ ॥ ਅੰਮ੍ਰਿਤ ਨਾਮੁ ਨਿਧਾਨੁ ਕੰਠਿ ਉਰਿ ਧਾਰਿਆ ॥ ਨਾਨਕ ਸਾਧੂ ਸੰਗਿ ਜਨਮੁ ਮਰਣੁ ਸਵਾਰਿਆ ॥੧੧॥

ਸਲੋਕ ਮਃ ੩ ॥ --

ਅੰਗ 855 ਤੋਂ ਬਿਲਾਵਲੁ ਬਾਣੀ ਭਗਤਾ ਕੀ ॥ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 858 ਤੱਕ ਹੈ। ਇਸ ਵਿਚ ਬਾਣੀ ਕਬੀਰ ਜੀਉ ਕੀ, ਬਿਲਾਵਲੁ ਬਾਣੀ ਭਗਤ ਨਾਮਦੇਵ ਜੀ ਕੀ, ਬਿਲਾਵਲੁ ਬਾਣੀ ਰਵਿਦਾਸ ਭਗਤ ਕੀ, ਬਾਣੀ ਸਧਨੇ ਕੀ ਰਾਗੁ ਬਿਲਾਵਲੁ ਵਿਚ ਦਰਜ ਹੈ।

ਅੰਗ 859 ਤੋਂ ਰਾਗੁ ਗੋਂਡ ਚਉਪਦੇ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 862 ਤੱਕ ਹੈ।

ਅੰਗ 862 ਤੋਂ ਰਾਗੁ ਗੋਂਡ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 869 ਤੱਕ ਹੈ।

ਅੰਗ 870 ਤੋਂ ਰਾਗੁ ਗੋਂਡ ਬਾਣੀ ਭਗਤਾ ਕੀ ॥ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 875 ਤੱਕ ਹੈ। ਇਸ ਬਾਣੀ ਵਿਚ ਰਾਗੁ ਗੋਂਡ ਬਾਣੀ ਕਬੀਰ ਜੀਉ ਕੀ, ਰਾਗੁ ਗੋਂਡ ਬਾਣੀ ਨਾਮਦੇਉ ਜੀ ਕੀ, ਰਾਗੁ ਗੋਂਡ ਬਾਣੀ ਰਵਿਦਾਸ ਜੀਉ ਕੀ ਦਰਜ ਹੈ।

ਰਾਮਕਲੀ ਮਹਲਾ ੧

ਅੰਗ 876 ਤੋਂ ਰਾਮਕਲੀ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 879 ਤੱਕ ਹੈ।

ਰਾਮਕਲੀ ਮਹਲਾ ੧ ਘਰੁ ੧ ਚਉਪਦੇ

ੴ ☬ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਕੋਈ ਪੜਤਾ ਸਹਸਾਕਿਰਤਾ ਕੋਈ ਪੜੈ ਪੁਰਾਨਾ ॥ ਕੋਈ ਨਾਮੁ ਜਪੈ ਜਪਮਾਲੀ ਲਾਗੈ ਤਿਸੈ ਧਿਆਨਾ ॥ ਅਬ ਹੀ ਕਬ ਹੀ ਕਿਛੂ ਨ ਜਾਨਾ ਤੇਰਾ ਏਕੋ ਨਾਮੁ ਪਛਾਨਾ ॥੧॥ ਨ ਜਾਣਾ ਹਰੇ ਮੇਰੀ ਕਵਨ ਗਤੇ ॥ ਹਮ ਮੂਰਖ ਅਗਿਆਨ ਸਰਨਿ ਪ੍ਰਭ ਤੇਰੀ ਕਰਿ ਕਿਰਪਾ ਰਾਖਹੁ ਮੇਰੀ ਲਾਜ ਪਤੇ ॥੧॥ ਰਹਾਉ ॥ ਕਬਹੂ ਜੀਅੜਾ ਊਭਿ ਚੜਤੁ ਹੈ ਕਬਹੂ ਜਾਇ ਪਇਆਲੇ ॥ ਲੋਭੀ ਜੀਅੜਾ ਥਿਰੁ ਨ ਰਹਤੁ ਹੈ ਚਾਰੇ ਕੁੰਡਾ ਭਾਲੇ ॥੨॥ ਮਰਣੁ ਲਿਖਾਇ ਮੰਡਲ ਮਹਿ ਆਏ ਜੀਵਣੁ ਸਾਜਹਿ ਮਾਈ ॥ ਏਕਿ ਚਲੇ ਹਮ ਦੇਖਹ ਸੁਆਮੀ ਭਾਹਿ ਬਲੰਤੀ ਆਈ ॥੩॥ ਨ ਕਿਸੀ ਕਾ ਮੀਤੁ ਨ ਕਿਸੀ ਕਾ ਭਾਈ ਨਾ ਕਿਸੈ ਬਾਪੁ ਨ ਮਾਈ ॥ ਪ੍ਰਣਵਤਿ ਨਾਨਕ ਜੇ ਤੂ ਦੇਵਹਿ ਅੰਤੇ ਹੋਇ ਸਖਾਈ ॥੪॥੧॥ ਰਾਮਕਲੀ ਮਹਲਾ ੧ ॥ ਸਰਬ ਜੋਤਿ ਤੇਰੀ ਪਸਰਿ ਰਹੀ ॥ ਜਹ ਜਹ ਦੇਖਾ ਤਹ ਨਰਹਰੀ ॥੧॥ ਜੀਵਨ ਤਲਬ ਨਿਵਾਰਿ ਸੁਆਮੀ ॥ ਅੰਧ ਕੂਪਿ ਮਾਇਆ ਮਨੁ ਗਾਡਿਆ ਕਿਉ ਕਰਿ ਉਤਰਉ ਪਾਰਿ ਸੁਆਮੀ ॥੧॥ ਰਹਾਉ ॥ ਜਹ ਭੀਤਰਿ ਘਟ ਭੀਤਰਿ ਬਸਿਆ ਬਾਹਰਿ ਕਾਹੇ ਨਾਹੀ ॥ ਤਿਨ ਕੀ ਸਾਰ ਕਰੇ ਨਿਤ ਸਾਹਿਬੁ ਸਦਾ ਚਿੰਤ ਮਨ ਮਾਹੀ ॥੨॥ ਆਪੇ ਨੇੜੈ ਆਪੇ ਦੂਰਿ ॥ ਆਪੇ ਸਰਬ ਰਹਿਆ ਭਰਪੂਰਿ ॥ ਸਤਗੁਰੁ ਮਿਲੈ ਅੰਧੇਰਾ ਜਾਇ ॥ ਜਹ ਦੇਖਾ ਤਹ ਰਹਿਆ ਸਮਾਇ ॥੩॥ ਅੰਤਰਿ ਸਹਸਾ ਬਾਹਰਿ ਮਾਇਆ ਨੈਣੀ ਲਾਗਸਿ ਬਾਣੀ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਪਰਤਾਪਹਿਗਾ ਪ੍ਰਾਣੀ ॥੪॥੨॥ ਰਾਮਕਲੀ ਮਹਲਾ ੧ ॥ ਜਿਤੁ ਦਰਿ ਵਸਹਿ ਕਵਨੁ ਦਰੁ ਕਹੀਐ ਦਰਾ ਭੀਤਰਿ ਦਰੁ ਕਵਨੁ ਲਹੈ ॥ ਜਿਸੁ ਦਰ ਕਾਰਣਿ ਫਿਰਾ ਉਦਾਸੀ ਸੋ ਦਰੁ ਕੋਈ ਆਇ ਕਹੈ ॥੧॥ ਕਿਨ ਬਿਧਿ ਸਾਗਰੁ ਤਰੀਐ ॥ ਜੀਵਤਿਆ ਨਹ ਮਰੀਐ ॥੧॥ ਰਹਾਉ ॥ ਦੁਖੁ ਦਰਵਾਜਾ ਰੋਹੁ ਰਖਵਾਲਾ ਆਸਾ ਅੰਦੇਸਾ ਦੁਇ ਪਟ ਜੜੇ ॥ ਮਾਇਆ ਜਲੁ ਖਾਈ ਪਾਣੀ ਘਰੁ ਬਾਧਿਆ ਸਤ ਕੈ ਆਸਣਿ ਪੁਰਖੁ ਰਹੈ ॥੨॥ ਕਿੰਤੇ ਨਾਮਾ ਅੰਤੁ ਨ ਜਾਣਿਆ

ਤੁਮ ਸਰਿ ਨਾਹੀ ਅਵਰ ਹਰੇ ॥ ਊਚਾ ਨਹੀ ਕਹਣਾ ਮਨ ਮਹਿ ਰਹਣਾ ਆਪੇ ਜਾਣੈ ਆਪਿ ਕਰੇ ॥੩॥ ਜਬ ਆਸਾ ਅੰਦੇਸਾ ਤਬ ਹੀ ਕਿਉ ਕਰਿ ਏਕੁ ਕਹੈ ॥ ਆਸਾ ਭੀਤਰਿ ਰਹੈ ਨਿਰਾਸਾ ਤਉ ਨਾਨਕ ਏਕੁ ਮਿਲੈ ॥੪॥ ਇਨ ਬਿਧਿ ਸਾਗਰੁ ਤਰੀਐ ॥ ਜੀਵਤਿਆ ਇਉ ਮਰੀਐ ॥੧॥ ਰਹਾਉ ਦੂਜਾ ॥੩॥ ਰਾਮਕਲੀ ਮਹਲਾ ੧ ॥ ਸੁਰਤਿ ਸਬਦੁ ਸਾਖੀ ਮੇਰੀ ਸਿੰਙੀ ਬਾਜੈ ਲੋਕੁ ਸੁਣੇ ॥ ਪਤੁ ਝੋਲੀ ਮੰਗਣ ਕੈ ਤਾਈ ਭੀਖਿਆ ਨਾਮੁ ਪੜੇ ॥੧॥ ਬਾਬਾ ਗੋਰਖੁ ਜਾਗੈ ॥ ਗੋਰਖੁ ਸੋ ਜਿਨਿ ਗੋਇ ਉਠਾਲੀ ਕਰਤੇ ਬਾਰ ਨ ਲਾਗੈ ॥੧॥ ਰਹਾਉ ॥ ਪਾਣੀ ਪ੍ਰਾਣ ਪਵਣਿ ਬੰਧਿ ਰਾਖੇ ਚੰਦੁ ਸੂਰਜੁ ਮੁਖਿ ਦੀਏ ॥ ਮਰਣ ਜੀਵਣ ਕਉ ਧਰਤੀ ਦੀਨੀ ਏਤੇ ਗੁਣ ਵਿਸਰੇ ॥੨॥ ਸਿਧ ਸਾਧਿਕ ਅਰੁ ਜੋਗੀ ਜੰਗਮ ਪੀਰ ਪੁਰਸ ਬਹੁਤੇਰੇ ॥ ਜੇ ਤਿਨ ਮਿਲਾ ਤ ਕੀਰਤਿ ਆਖਾ ਤਾ ਮਨੁ ਸੇਵ ਕਰੇ ॥੩॥ ਕਾਗਦੁ ਲੂਣੁ ਰਹੈ ਘ੍ਰਿਤ ਸੰਗੇ ਪਾਣੀ ਕਮਲੁ ਰਹੈ ॥ ਐਸੇ ਭਗਤ ਮਿਲਹਿ ਜਨ ਨਾਨਕ ਤਿਨ ਜਮੁ ਕਿਆ ਕਰੈ ॥੪॥੪॥

ਰਾਮਕਲੀ ਮਹਲਾ ੧ ॥ ਸੁਣਿ ਮਾਛਿੰਦ੍ਰਾ ਨਾਨਕੁ ਬੋਲੈ ॥ ਵਸਗਤਿ ਪੰਚ ਕਰੇ ਨਹ ਡੋਲੈ ॥ ਐਸੀ ਜੁਗਤਿ ਜੋਗ ਕਉ ਪਾਲੇ ॥ ਆਪਿ ਤਰੈ ਸਗਲੇ ਕੁਲ ਤਾਰੇ ॥੧॥ ਸੋ ਅਉਧੂਤੁ ਐਸੀ ਮਤਿ ਪਾਵੈ ॥ ਅਹਿਨਿਸਿ ਸੁੰਨਿ ਸਮਾਧਿ ਸਮਾਵੈ ॥੧॥ ਰਹਾਉ ॥ ਭਿਖਿਆ ਭਾਇ ਭਗਤਿ ਭੈ ਚਲੈ ॥ ਹੋਵੈ ਸੁ ਤ੍ਰਿਪਤਿ ਸੰਤੋਖਿ ਅਮੁਲੈ ॥ ਧਿਆਨ ਰੂਪਿ ਹੋਇ ਆਸਣੁ ਪਾਵੈ ॥ ਸਚਿ ਨਾਮਿ ਤਾੜੀ ਚਿਤੁ ਲਾਵੈ ॥੨॥ ਨਾਨਕੁ ਬੋਲੈ ਅੰਮ੍ਰਿਤ ਬਾਣੀ ॥ ਸੁਣਿ ਮਾਛਿੰਦ੍ਰਾ ਅਉਧੂ ਨੀਸਾਣੀ ॥ ਆਸਾ ਮਾਹਿ ਨਿਰਾਸੁ ਵਲਾਏ ॥ ਨਿਹਚਉ ਨਾਨਕ ਕਰਤੇ ਪਾਏ ॥੩॥ ਪ੍ਰਣਵਤਿ ਨਾਨਕੁ ਅਗਮੁ ਸੁਣਾਏ ॥ ਗੁਰ ਚੇਲੇ ਕੀ ਸੰਧਿ ਮਿਲਾਏ ॥ ਦੀਖਿਆ ਦਾਰੂ ਭੋਜਨੁ ਖਾਇ ॥ ਛਿਅ ਦਰਸਨ ਕੀ ਸੋਝੀ ਪਾਇ ॥੪॥੫॥ ਰਾਮਕਲੀ ਮਹਲਾ ੧ ॥ ਹਮ ਡੋਲਤ ਬੇੜੀ ਪਾਪ ਭਰੀ ਹੈ ਪਵਣੁ ਲਗੈ ਮਤੁ ਜਾਈ ॥ ਸਨਮੁਖ ਸਿਧ ਭੇਟਣ ਕਉ ਆਏ ਨਿਹਚਉ ਦੇਹਿ ਵਡਿਆਈ ॥੧॥ ਗੁਰ ਤਾਰਿ ਤਾਰਣਹਾਰਿਆ ॥ ਦੇਹਿ ਭਗਤਿ ਪੂਰਨ ਅਵਿਨਾਸੀ ਹਉ ਤੁਝ ਕਉ ਬਲਿਹਾਰਿਆ ॥੧॥ ਰਹਾਉ ॥ ਸਿਧ ਸਾਧਿਕ ਜੋਗੀ ਅਰੁ ਜੰਗਮ ਏਕੁ ਸਿਧੁ ਜਿਨੀ ਧਿਆਇਆ ॥ ਪਰਸਤ ਪੈਰ ਸਿਝਤ ਤੇ ਸੁਆਮੀ ਅਖਰੁ ਜਿਨ ਕਉ ਆਇਆ ॥੨॥ ਜਪ ਤਪ ਸੰਜਮ ਕਰਮ ਨ ਜਾਨਾ ਨਾਮੁ ਜਪੀ ਪ੍ਰਭ ਤੇਰਾ ॥ ਗੁਰੁ ਪਰਮੇਸਰੁ ਨਾਨਕ ਭੇਟਿਓ ਸਾਚੈ ਸਬਦਿ

ਨਿਬੇਰਾ ॥੩॥੬॥ ਰਾਮਕਲੀ ਮਹਲਾ ੧ ॥ ਸੁਰਤੀ ਸੁਰਤਿ ਰਲਾਈਐ ਏਤੁ ॥ ਤਨੁ ਕਰਿ ਤੁਲਹਾ ਲੰਘਹਿ ਜੇਤੁ ॥ ਅੰਤਰਿ ਭਾਹਿ ਤਿਸੈ ਤੂ ਰਖੁ ॥ ਅਹਿਨਿਸਿ ਦੀਵਾ ਬਲੈ ਅਥਕੁ ॥੧॥ ਐਸਾ ਦੀਵਾ ਨੀਰਿ ਤਰਾਇ ॥ ਜਿਤੁ ਦੀਵੈ ਸਭ ਸੋਝੀ ਪਾਇ ॥੧॥ ਰਹਾਉ ॥ ਹਛੀ ਮਿਟੀ ਸੋਝੀ ਹੋਇ ॥ ਤਾ ਕਾ ਕੀਆ ਮਾਨੈ ਸੋਇ ॥ ਕਰਣੀ ਤੇ ਕਰਿ ਚਕਹੁ ਢਾਲਿ ॥ ਐਥੈ ਓਥੈ ਨਿਬਹੀ ਨਾਲਿ ॥੨॥ ਆਪੇ ਨਦਰਿ ਕਰੇ ਜਾ ਸੋਇ ॥ ਗੁਰਮੁਖਿ ਵਿਰਲਾ ਬੂਝੈ ਕੋਇ ॥ ਤਿਤੁ ਘਟਿ ਦੀਵਾ ਨਿਹਚਲੁ ਹੋਇ ॥ ਪਾਣੀ ਮਰੈ ਨ ਬੁਝਾਇਆ ਜਾਇ ॥ ਐਸਾ ਦੀਵਾ ਨੀਰਿ ਤਰਾਇ ॥੩॥ ਡੋਲੈ ਵਾਉ ਨ ਵਡਾ ਹੋਇ ॥ ਜਾਪੈ ਜਿਉ ਸਿੰਘਾਸਣਿ ਲੋਇ ॥ ਖਤ੍ਰੀ ਬ੍ਰਾਹਮਣੁ ਸੂਦੁ ਕਿ ਵੈਸੁ ॥ ਨਿਰਤਿ ਨ ਪਾਈਆ ਗਣੀ ਸਹੰਸ ॥ ਐਸਾ ਦੀਵਾ ਬਾਲੇ ਕੋਇ ॥ ਨਾਨਕ ਸੋ ਪਾਰੰਗਤਿ ਹੋਇ ॥੪॥੭॥

ਰਾਮਕਲੀ ਮਹਲਾ ੧ ॥ ਤੁਧਨੋ ਨਿਵਣੁ ਮੰਨਣੁ ਤੇਰਾ ਨਾਉ ॥ ਸਾਚੁ ਭੇਟ ਬੈਸਣ ਕਉ ਥਾਉ ॥ ਸਤੁ ਸੰਤੋਖੁ ਹੋਵੈ ਅਰਦਾਸਿ ॥ ਤਾ ਸੁਣਿ ਸਦਿ ਬਹਾਲੇ ਪਾਸਿ ॥੧॥ ਨਾਨਕ ਬਿਰਥਾ ਕੋਇ ਨ ਹੋਇ ॥ ਐਸੀ ਦਰਗਹ ਸਾਚਾ ਸੋਇ ॥੧॥ ਰਹਾਉ ॥ ਪ੍ਰਾਪਤਿ ਪੋਤਾ ਕਰਮੁ ਪਸਾਉ ॥ ਤੂ ਦੇਵਹਿ ਮੰਗਤ ਜਨ ਚਾਉ ॥ ਭਾਡੈ ਭਾਉ ਪਵੈ ਤਿਤੁ ਆਇ ॥ ਧੁਰਿ ਤੈ ਛੋਡੀ ਕੀਮਤਿ ਪਾਇ ॥੨॥ ਜਿਨਿ ਕਿਛੁ ਕੀਆ ਸੋ ਕਿਛੁ ਕਰੈ ॥ ਅਪਨੀ ਕੀਮਤਿ ਆਪੇ ਧਰੈ ॥ ਗੁਰਮੁਖਿ ਪਰਗਟੁ ਹੋਆ ਹਰਿ ਰਾਇ ॥ ਨਾ ਕੋ ਆਵੈ ਨਾ ਕੋ ਜਾਇ ॥੩॥ ਲੋਕੁ ਧਿਕਾਰੁ ਕਹੈ ਮੰਗਤ ਜਨ ਮਾਗਤ ਮਾਨੁ ਨ ਪਾਇਆ ॥ ਸਹ ਕੀਆ ਗਲਾ ਦਰ ਕੀਆ ਬਾਤਾ ਤੈ ਤਾ ਕਹਣੁ ਕਹਾਇਆ ॥੪॥੮॥ ਰਾਮਕਲੀ ਮਹਲਾ ੧ ॥ ਸਾਗਰ ਮਹਿ ਬੂੰਦ ਬੂੰਦ ਮਹਿ ਸਾਗਰੁ ਕਵਣੁ ਬੁਝੈ ਬਿਧਿ ਜਾਣੈ ॥ ਉਤਭੁਜ ਚਲਤ ਆਪਿ ਕਰਿ ਚੀਨੈ ਆਪੇ ਤਤੁ ਪਛਾਣੈ ॥੧॥ ਐਸਾ ਗਿਆਨੁ ਬੀਚਾਰੈ ਕੋਈ ॥ ਤਿਸ ਤੇ ਮੁਕਤਿ ਪਰਮ ਗਤਿ ਹੋਈ ॥੧॥ ਰਹਾਉ ॥ ਦਿਨ ਮਹਿ ਰੈਣਿ ਰੈਣਿ ਮਹਿ ਦਿਨੀਅਰੁ ਉਸਨ ਸੀਤ ਬਿਧਿ ਸੋਈ ॥ ਤਾ ਕੀ ਗਤਿ ਮਿਤਿ ਅਵਰੁ ਨ ਜਾਣੈ ਗੁਰ ਬਿਨੁ ਸਮਝ ਨ ਹੋਈ ॥੨॥ ਪੁਰਖ ਮਹਿ ਨਾਰਿ ਨਾਰਿ ਮਹਿ ਪੁਰਖਾ ਬੂਝਹੁ ਬ੍ਰਹਮ ਗਿਆਨੀ ॥ ਧੁਨਿ ਮਹਿ ਧਿਆਨੁ ਧਿਆਨ ਮਹਿ ਜਾਨਿਆ ਗੁਰਮੁਖਿ ਅਕਥ ਕਹਾਨੀ ॥੩॥ ਮਨ ਮਹਿ ਜੋਤਿ ਜੋਤਿ ਮਹਿ ਮਨੂਆ ਪੰਚ ਮਿਲੇ ਗੁਰ ਭਾਈ ॥ ਨਾਨਕ ਤਿਨ ਕੈ ਸਦ ਬਲਿਹਾਰੀ ਜਿਨ ਏਕ ਸਬਦਿ ਲਿਵ ਲਾਈ

॥੪॥੯॥ ਰਾਮਕਲੀ ਮਹਲਾ ੧ ॥ ਜਾ ਹਰਿ ਪ੍ਰਭਿ ਕਿਰਪਾ ਧਾਰੀ ॥ ਤਾ ਹਉਮੈ ਵਿਚਹੁ ਮਾਰੀ ॥ ਸੋ ਸੇਵਕਿ ਰਾਮ ਪਿਆਰੀ ॥ ਜੋ ਗੁਰ ਸਬਦੀ ਬੀਚਾਰੀ ॥੧॥ ਸੋ ਹਰਿ ਜਨੁ ਹਰਿ ਪ੍ਰਭ ਭਾਵੈ ॥ ਅਹਿਨਿਸਿ ਭਗਤਿ ਕਰੇ ਦਿਨੁ ਰਾਤੀ ਲਾਜ ਛੋਡਿ ਹਰਿ ਕੇ ਗੁਣ ਗਾਵੈ ॥੧॥ ਰਹਾਉ ॥ ਧੁਨਿ ਵਾਜੇ ਅਨਹਦ ਘੋਰਾ ॥ ਮਨੁ ਮਾਨਿਆ ਹਰਿ ਰਸਿ ਮੋਰਾ ॥ ਗੁਰ ਪੂਰੈ ਸਚੁ ਸਮਾਇਆ ॥ ਗੁਰੁ ਆਦਿ ਪੁਰਖੁ ਹਰਿ ਪਾਇਆ ॥੨॥ ਸਭਿ ਨਾਦ ਬੇਦ ਗੁਰਬਾਣੀ ॥ ਮਨੁ ਰਾਤਾ ਸਾਰਿਗਪਾਣੀ ॥ ਤਹ ਤੀਰਥ ਵਰਤ ਤਪ ਸਾਰੇ ॥ ਗੁਰ ਮਿਲਿਆ ਹਰਿ ਨਿਸਤਾਰੇ ॥੩॥ ਜਹ ਆਪੁ ਗਇਆ ਭਉ ਭਾਗਾ ॥ ਗੁਰ ਚਰਣੀ ਸੇਵਕੁ ਲਾਗਾ ॥ ਗੁਰਿ ਸਤਿਗੁਰਿ ਭਰਮੁ ਚੁਕਾਇਆ ॥ ਕਹੁ ਨਾਨਕ ਸਬਦਿ ਮਿਲਾਇਆ ॥੪॥੧੦॥

ਰਾਮਕਲੀ ਮਹਲਾ ੧ ॥ ਛਾਦਨੁ ਭੋਜਨੁ ਮਾਗਤੁ ਭਾਗੈ ॥ ਖੁਧਿਆ ਦੁਸਟ ਜਲੈ ਦੁਖੁ ਆਗੈ ॥ ਗੁਰਮਤਿ ਨਹੀ ਲੀਨੀ ਦੁਰਮਤਿ ਪਤਿ ਖੋਈ ॥ ਗੁਰਮਤਿ ਭਗਤਿ ਪਾਵੈ ਜਨੁ ਕੋਈ ॥੧॥ ਜੋਗੀ ਜੁਗਤਿ ਸਹਜ ਘਰਿ ਵਾਸੈ ॥ ਏਕ ਦ੍ਰਿਸਟਿ ਏਕੋ ਕਰਿ ਦੇਖਿਆ ਭੀਖਿਆ ਭਾਇ ਸਬਦਿ ਤ੍ਰਿਪਤਾਸੈ ॥੧॥ ਰਹਾਉ ॥ ਪੰਚ ਬੈਲ ਗਡੀਆ ਦੇਹ ਧਾਰੀ ॥ ਰਾਮ ਕਲਾ ਨਿਬਹੈ ਪਤਿ ਸਾਰੀ ॥ ਧਰ ਤੂਟੀ ਗਾਡੋ ਸਿਰ ਭਾਰਿ ॥ ਲਕਰੀ ਬਿਖਰਿ ਜਰੀ ਮੰਝ ਭਾਰਿ ॥੨॥ ਗੁਰ ਕਾ ਸਬਦੁ ਵੀਚਾਰਿ ਜੋਗੀ ॥ ਦੁਖੁ ਸੁਖੁ ਸਮ ਕਰਣਾ ਸੋਗ ਬਿਓਗੀ ॥ ਭੁਗਤਿ ਨਾਮੁ ਗੁਰ ਸਬਦਿ ਬੀਚਾਰੀ ॥ ਅਸਥਿਰੁ ਕੰਧੁ ਜਪੈ ਨਿਰੰਕਾਰੀ ॥੩॥ ਸਹਜ ਜਗੋਟਾ ਬੰਧਨ ਤੇ ਛੂਟਾ ॥ ਕਾਮੁ ਕ੍ਰੋਧੁ ਗੁਰ ਸਬਦੀ ਲੂਟਾ ॥ ਮਨ ਮਹਿ ਮੁੰਦ੍ਰਾ ਹਰਿ ਗੁਰ ਸਰਣਾ ॥ ਨਾਨਕ ਰਾਮ ਭਗਤਿ ਜਨ ਤਰਣਾ ॥੪॥੧੧॥

ਅੰਗ 880 'ਤੇ ਰਾਮਕਲੀ ਮਹਲਾ ੩ ਬਾਣੀ ਹੈ।

ਅੰਗ 880 ਤੋਂ ਰਾਮਕਲੀ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 882 ਤੱਕ ਹੈ।

ਅੰਗ 882 ਤੋਂ ਰਾਗੁ ਰਾਮਕਲੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 901 ਤੱਕ ਹੈ।

ਅੰਗ 901 ਤੋਂ ਰਾਗੁ ਰਾਮਕਲੀ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 902 ਤੱਕ ਹੈ।

ਰਾਮਕਲੀ ਮਹਲਾ ੧ ਅਸਟਪਦੀਆ

ਅੰਗ 902 ਤੋਂ ਰਾਮਕਲੀ ਮਹਲਾ ੧ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 908 ਤੱਕ ਹੈ।

ਰਾਮਕਲੀ ਮਹਲਾ ੧ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥

ਸੋਈ ਚੰਦੁ ਚੜਹਿ ਸੇ ਤਾਰੇ ਸੋਈ ਦਿਨੀਅਰੁ ਤਪਤ ਰਹੈ ॥ ਸਾ ਧਰਤੀ ਸੋ ਪਉਣੁ ਝੁਲਾਰੇ ਜੁਗ ਜੀਅ ਖੇਲੇ ਥਾਵ ਕੈਸੇ ॥੧॥ ਜੀਵਨ ਤਲਬ ਨਿਵਾਰਿ ॥ ਹੋਵੈ ਪਰਵਾਣਾ ਕਰਹਿ ਧਿਙਾਣਾ ਕਲਿ ਲਖਣ ਵੀਚਾਰਿ ॥੧॥ ਰਹਾਉ ॥ ਕਿਤੈ ਦੇਸਿ ਨ ਆਇਆ ਸੁਣੀਐ ਤੀਰਥ ਪਾਸਿ ਨ ਬੈਠਾ ॥ ਦਾਤਾ ਦਾਨੁ ਕਰੇ ਤਹ ਨਾਹੀ ਮਹਲ ਉਸਾਰਿ ਨ ਬੈਠਾ ॥੨॥ ਜੇ ਕੋ ਸਤੁ ਕਰੇ ਸੋ ਛੀਜੈ ਤਪ ਘਰਿ ਤਪੁ ਨ ਹੋਈ ॥ ਜੇ ਕੋ ਨਾਉ ਲਏ ਬਦਨਾਵੀ ਕਲਿ ਕੇ ਲਖਣ ਏਈ ॥੩॥ ਜਿਸੁ ਸਿਕਦਾਰੀ ਤਿਸਹਿ ਖੁਆਰੀ ਚਾਕਰ ਕੇਹੇ ਡਰਣਾ ॥ ਜਾ ਸਿਕਦਾਰੈ

ਪਵੈ ਜੰਜੀਰੀ ਤਾ ਚਾਕਰ ਹਥਹੁ ਮਰਣਾ ॥੪॥ ਆਖੁ ਗੁਣਾ ਕਲਿ ਆਈਐ ॥ ਤਿਹੁ ਜੁਗ ਕੇਰਾ ਰਹਿਆ ਤਪਾਵਸੁ ਜੇ ਗੁਣ ਦੇਹਿ ਤ ਪਾਈਐ ॥੧॥ ਰਹਾਉ ॥ ਕਲਿ ਕਲਵਾਲੀ ਸਰਾ ਨਿਬੇੜੀ ਕਾਜੀ ਕ੍ਰਿਸਨਾ ਹੋਆ ॥ ਬਾਣੀ ਬ੍ਰਹਮਾ ਬੇਦੁ ਅਥਰਬਣੁ ਕਰਣੀ ਕੀਰਤਿ ਲਹਿਆ ॥੫॥ ਪਤਿ ਵਿਣੁ ਪੂਜਾ ਸਤ ਵਿਣੁ ਸੰਜਮੁ ਜਤ ਵਿਣੁ ਕਾਹੇ ਜਨੇਊ ॥ ਨਾਵਹੁ ਧੋਵਹੁ ਤਿਲਕੁ ਚੜਾਵਹੁ ਸੁਚ ਵਿਣੁ ਸੋਚ ਨ ਹੋਈ ॥੬॥ ਕਲਿ ਪਰਵਾਣੁ ਕਤੇਬ ਕੁਰਾਣੁ ॥ ਪੋਥੀ ਪੰਡਿਤ ਰਹੇ ਪੁਰਾਣ ॥ ਨਾਨਕ ਨਾਉ ਭਇਆ ਰਹਮਾਣੁ ॥ ਕਰਿ ਕਰਤਾ ਤੂ ਏਕੋ ਜਾਣੁ ॥੭॥ ਨਾਨਕ ਨਾਮੁ ਮਿਲੈ ਵਡਿਆਈ ਏਦੂ ਉਪਰਿ ਕਰਮੁ ਨਹੀ ॥ ਜੇ ਘਰਿ ਹੋਦੈ ਮੰਗਣਿ ਜਾਈਐ ਫਿਰਿ ਓਲਾਮਾ ਮਿਲੈ ਤਹੀ ॥੮॥੧॥ ਰਾਮਕਲੀ ਮਹਲਾ ੧ ॥ ਜਗੁ ਪਰਬੋਧਹਿ ਮੜੀ ਬਧਾਵਹਿ ॥ ਆਸਣੁ ਤਿਆਗਿ ਕਾਹੇ ਸਚੁ ਪਾਵਹਿ ॥ ਮਮਤਾ ਮੋਹੁ ਕਾਮਣਿ ਹਿਤਕਾਰੀ ॥ ਨਾ ਅਉਧੂਤੀ ਨਾ ਸੰਸਾਰੀ ॥੧॥ ਜੋਗੀ ਬੈਸਿ ਰਹਹੁ ਦੁਬਿਧਾ ਦੁਖੁ ਭਾਗੈ ॥ ਘਰਿ ਘਰਿ ਮਾਗਤ ਲਾਜ ਨ ਲਾਗੈ ॥੧॥ ਰਹਾਉ ॥ ਗਾਵਹਿ ਗੀਤ ਨ ਚੀਨਹਿ ਆਪੁ ॥ ਕਿਉ ਲਾਗੀ ਨਿਵਰੈ ਪਰਤਾਪੁ ॥ ਗੁਰ ਕੈ ਸਬਦਿ ਰਚੈ ਮਨ ਭਾਇ ॥ ਭਿਖਿਆ ਸਹਜ ਵੀਚਾਰੀ ਖਾਇ ॥੨॥ ਭਸਮ ਚੜਾਇ ਕਰਹਿ ਪਾਖੰਡੁ ॥ ਮਾਇਆ ਮੋਹਿ ਸਹਹਿ ਜਮ ਡੰਡੁ ॥ ਫੂਟੈ ਖਾਪਰੁ ਭੀਖ ਨ ਭਾਇ ॥ ਬੰਧਨਿ ਬਾਧਿਆ ਆਵੈ ਜਾਇ ॥੩॥ ਬਿੰਦੁ ਨ ਰਾਖਹਿ ਜਤੀ ਕਹਾਵਹਿ ॥ ਮਾਈ ਮਾਗਤ ਤ੍ਰੈ ਲੋਭਾਵਹਿ ॥ ਨਿਰਦਇਆ ਨਹੀ ਜੋਤਿ ਉਜਾਲਾ ॥ ਬੂਡਤ ਬੂਡੇ ਸਰਬ ਜੰਜਾਲਾ ॥੪॥ ਭੇਖ ਕਰਹਿ ਖਿੰਥਾ ਬਹੁ ਥਟੂਆ ॥ ਝੂਠੋ ਖੇਲੁ ਖੇਲੈ ਬਹੁ ਨਟੂਆ ॥ ਅੰਤਰਿ ਅਗਨਿ ਚਿੰਤਾ ਬਹੁ ਜਾਰੇ ॥ ਵਿਣੁ ਕਰਮਾ ਕੈਸੇ ਉਤਰਸਿ ਪਾਰੇ ॥੫॥ ਮੁੰਦ੍ਰਾ ਫਟਕ ਬਨਾਈ ਕਾਨਿ ॥ ਮੁਕਤਿ ਨਹੀ ਬਿਦਿਆ ਬਿਗਿਆਨਿ ॥ ਜਿਹਵਾ ਇੰਦ੍ਰੀ ਸਾਦਿ ਲੋੁਭਾਨਾ ॥ ਪਸੂ ਭਏ ਨਹੀ ਮਿਟੈ ਨਿਸਾਨਾ ॥੬॥ ਤ੍ਰਿਬਿਧਿ ਲੋਗਾ ਤ੍ਰਿਬਿਧਿ ਜੋਗਾ ॥ ਸਬਦੁ ਵੀਚਾਰੈ ਚੂਕਸਿ ਸੋਗਾ ॥ ਊਜਲੁ ਸਾਚੁ ਸੁ ਸਬਦੁ ਹੋਇ ॥ ਜੋਗੀ ਜੁਗਤਿ ਵੀਚਾਰੇ ਸੋਇ ॥੭॥ ਤੁਝ ਪਹਿ ਨਉ ਨਿਧਿ ਤੂ ਕਰਣੈ ਜੋਗੁ ॥ ਥਾਪਿ ਉਥਾਪੇ ਕਰੇ ਸੁ ਹੋਗੁ ॥ ਜਤੁ ਸਤੁ ਸੰਜਮੁ ਸਚੁ ਸੁਚੀਤੁ ॥ ਨਾਨਕ ਜੋਗੀ ਤ੍ਰਿਭਵਣ ਮੀਤੁ ॥੮॥੨॥ ਰਾਮਕਲੀ ਮਹਲਾ ੧ ॥ ਖਟੁ ਮਟੁ ਦੇਹੀ ਮਨੁ ਬੈਰਾਗੀ ॥ ਸੁਰਤਿ ਸਬਦੁ ਧੁਨਿ ਅੰਤਰਿ ਜਾਗੀ ॥ ਵਾਜੈ ਅਨਹਦੁ ਮੇਰਾ ਮਨੁ ਲੀਣਾ ॥ ਗੁਰ ਬਚਨੀ ਸਚਿ ਨਾਮਿ ਪਤੀਣਾ ॥੧॥

ਪ੍ਰਾਣੀ ਰਾਮ ਭਗਤਿ ਸੁਖੁ ਪਾਈਐ ॥ ਗੁਰਮੁਖਿ ਹਰਿ ਹਰਿ ਮੀਠਾ ਲਾਗੈ ਹਰਿ ਹਰਿ ਨਾਮਿ ਸਮਾਈਐ ॥੧॥ ਰਹਾਉ ॥ ਮਾਇਆ ਮੋਹੁ ਬਿਵਰਜਿ ਸਮਾਏ ॥ ਸਤਿਗੁਰੁ ਭੇਟੈ ਮੇਲਿ ਮਿਲਾਏ ॥ ਨਾਮੁ ਰਤਨੁ ਨਿਰਮੋਲਕੁ ਹੀਰਾ ॥ ਤਿਤੁ ਰਾਤਾ ਮੇਰਾ ਮਨੁ ਧੀਰਾ ॥੨॥ ਹਉਮੈ ਮਮਤਾ ਰੋਗੁ ਨ ਲਾਗੈ ॥ ਰਾਮ ਭਗਤਿ ਜਮ ਕਾ ਭਉ ਭਾਗੈ ॥ ਜਮੁ ਜੰਦਾਰੁ ਨ ਲਾਗੈ ਮੋਹਿ ॥ ਨਿਰਮਲ ਨਾਮੁ ਰਿਦੈ ਹਰਿ ਸੋਹਿ ॥੩॥ ਸਬਦੁ ਬੀਚਾਰਿ ਭਏ ਨਿਰੰਕਾਰੀ ॥ ਗੁਰਮਤਿ ਜਾਗੇ ਦੁਰਮਤਿ ਪਰਹਾਰੀ ॥ ਅਨਦਿਨੁ ਜਾਗਿ ਰਹੇ ਲਿਵ ਲਾਈ ॥ ਜੀਵਨ ਮੁਕਤਿ ਗਤਿ ਅੰਤਰਿ ਪਾਈ ॥੪॥ ਅਲਿਪਤ ਗੁਫਾ ਮਹਿ ਰਹਹਿ ਨਿਰਾਰੇ ॥ ਤਸਕਰ ਪੰਚ ਸਬਦਿ ਸੰਘਾਰੇ ॥ ਪਰ ਘਰ ਜਾਇ ਨ ਮਨੁ ਡੋਲਾਏ ॥ ਸਹਜ ਨਿਰੰਤਰਿ ਰਹਉ ਸਮਾਏ ॥੫॥ ਗੁਰਮੁਖਿ ਜਾਗਿ ਰਹੇ ਅਉਧੂਤਾ ॥ ਸਦ ਬੈਰਾਗੀ ਤਤੁ ਪਰੋਤਾ ॥ ਜਗੁ ਸੂਤਾ ਮਰਿ ਆਵੈ ਜਾਇ ॥ ਬਿਨੁ ਗੁਰ ਸਬਦ ਨ ਸੋਝੀ ਪਾਇ ॥੬॥ ਅਨਹਦ ਸਬਦੁ ਵਜੈ ਦਿਨੁ ਰਾਤੀ ॥ ਅਵਿਗਤ ਕੀ ਗਤਿ ਗੁਰਮੁਖਿ ਜਾਤੀ ॥ ਤਉ ਜਾਨੀ ਜਾ ਸਬਦਿ ਪਛਾਨੀ ॥ ਏਕੋ ਰਵਿ ਰਹਿਆ ਨਿਰਬਾਨੀ ॥੭॥ ਸੁੰਨ ਸਮਾਧਿ ਸਹਜਿ ਮਨੁ ਰਾਤਾ ॥ ਤਜਿ ਹਉ ਲੋਭਾ ਏਕੋ ਜਾਤਾ ॥ ਗੁਰ ਚੇਲੇ ਅਪਨਾ ਮਨੁ ਮਾਨਿਆ ॥ ਨਾਨਕ ਦੂਜਾ ਮੇਟਿ ਸਮਾਨਿਆ ॥੮॥੩॥ ਰਾਮਕਲੀ ਮਹਲਾ ੧ ॥ ਸਾਹਾ ਗਣਹਿ ਨ ਕਰਹਿ ਬੀਚਾਰੁ ॥ ਸਾਹੇ ਊਪਰਿ ਏਕੰਕਾਰੁ ॥ ਜਿਸੁ ਗੁਰੁ ਮਿਲੈ ਸੋਈ ਬਿਧਿ ਜਾਣੈ ॥ ਗੁਰਮਤਿ ਹੋਇ ਤ ਹੁਕਮੁ ਪਛਾਣੈ ॥੧॥ ਝੂਠੁ ਨ ਬੋਲਿ ਪਾਡੇ ਸਚੁ ਕਹੀਐ ॥ ਹਉਮੈ ਜਾਇ ਸਬਦਿ ਘਰੁ ਲਹੀਐ ॥੧॥ ਰਹਾਉ ॥ ਗਣਿ ਗਣਿ ਜੋਤਕੁ ਕਾਂਡੀ ਕੀਨੀ ॥ ਪੜੈ ਸੁਣਾਵੈ ਤਤੁ ਨ ਚੀਨੀ ॥ ਸਭਸੈ ਊਪਰਿ ਗੁਰ ਸਬਦੁ ਬੀਚਾਰੁ ॥ ਹੋਰ ਕਥਨੀ ਬਦਉ ਨ ਸਗਲੀ ਛਾਰੁ ॥੨॥ ਨਾਵਹਿ ਧੋਵਹਿ ਪੂਜਹਿ ਸੈਲਾ ॥ ਬਿਨੁ ਹਰਿ ਰਾਤੇ ਮੈਲੋ ਮੈਲਾ ॥ ਗਰਬੁ ਨਿਵਾਰਿ ਮਿਲੈ ਪ੍ਰਭੁ ਸਾਰਥਿ ॥ ਮੁਕਤਿ ਪ੍ਰਾਨ ਜਪਿ ਹਰਿ ਕਿਰਤਾਰਥਿ ॥੩॥ ਵਾਚੈ ਵਾਦੁ ਨ ਬੇਦੁ ਬੀਚਾਰੈ ॥ ਆਪਿ ਡੁਬੈ ਕਿਉ ਪਿਤਰਾ ਤਾਰੈ ॥ ਘਟਿ ਘਟਿ ਬ੍ਰਹਮੁ ਚੀਨੈ ਜਨੁ ਕੋਇ ॥ ਸਤਿਗੁਰੁ ਮਿਲੈ ਤ ਸੋਝੀ ਹੋਇ ॥੪॥ ਗਣਤ ਗਣੀਐ ਸਹਸਾ ਦੁਖੁ ਜੀਐ ॥ ਗੁਰ ਕੀ ਸਰਣਿ ਪਵੈ ਸੁਖੁ ਥੀਐ ॥ ਕਰਿ ਅਪਰਾਧ ਸਰਣਿ ਹਮ ਆਇਆ ॥ ਗੁਰ ਹਰਿ ਭੇਟੇ ਪੁਰਬਿ ਕਮਾਇਆ ॥੫॥ ਗੁਰ ਸਰਣਿ ਨ ਆਈਐ ਬ੍ਰਹਮੁ ਨ ਪਾਈਐ ॥ ਭਰਮਿ ਭੁਲਾਈਐ ਜਨਮਿ ਮਰਿ ਆਈਐ

॥ ਜਮ ਦਰਿ ਬਾਧਉ ਮਰੈ ਬਿਕਾਰੁ ॥ ਨਾ ਰਿਦੈ ਨਾਮੁ ਨ ਸਬਦੁ ਅਚਾਰੁ ॥੬॥ ਇਕਿ ਪਾਧੇ ਪੰਡਿਤ ਮਿਸਰ ਕਹਾਵਹਿ ॥ ਦੁਬਿਧਾ ਰਾਤੇ ਮਹਲੁ ਨ ਪਾਵਹਿ ॥ ਜਿਸੁ ਗੁਰ ਪਰਸਾਦੀ ਨਾਮੁ ਅਧਾਰੁ ॥ ਕੋਟਿ ਮਧੇ ਕੋ ਜਨੁ ਆਪਾਰੁ ॥੭॥ ਏਕੁ ਬੁਰਾ ਭਲਾ ਸਚੁ ਏਕੈ ॥ ਬੂਝੁ ਗਿਆਨੀ ਸਤਗੁਰ ਕੀ ਟੇਕੈ ॥ ਗੁਰਮੁਖਿ ਵਿਰਲੀ ਏਕੋ ਜਾਣਿਆ ॥ ਆਵਣੁ ਜਾਣਾ ਮੇਟਿ ਸਮਾਣਿਆ ॥੮॥ ਜਿਨ ਕੈ ਹਿਰਦੈ ਏਕੰਕਾਰੁ ॥ ਸਰਬ ਗੁਣੀ ਸਾਚਾ ਬੀਚਾਰੁ ॥ ਗੁਰ ਕੈ ਭਾਣੈ ਕਰਮ ਕਮਾਵੈ ॥ ਨਾਨਕ ਸਾਚੇ ਸਾਚਿ ਸਮਾਵੈ ॥੯॥੪॥ ਰਾਮਕਲੀ ਮਹਲਾ ੧ ॥ ਹਠੁ ਨਿਗ੍ਰਹੁ ਕਰਿ ਕਾਇਆ ਛੀਜੈ ॥ ਵਰਤੁ ਤਪਨੁ ਕਰਿ ਮਨੁ ਨਹੀ ਭੀਜੈ ॥ ਰਾਮ ਨਾਮ ਸਰਿ ਅਵਰੁ ਨ ਪੂਜੈ ॥੧॥ ਗੁਰੁ ਸੇਵਿ ਮਨਾ ਹਰਿ ਜਨ ਸੰਗੁ ਕੀਜੈ ॥ ਜਮੁ ਜੰਦਾਰੁ ਜੋਹਿ ਨਹੀ ਸਾਕੈ ਸਰਪਨਿ ਡਸਿ ਨ ਸਕੈ ਹਰਿ ਕਾ ਰਸੁ ਪੀਜੈ ॥੧॥ ਰਹਾਉ ॥ ਵਾਦੁ ਪੜੈ ਰਾਗੀ ਜਗੁ ਭੀਜੈ ॥ ਤ੍ਰੈ ਗੁਣ ਬਿਖਿਆ ਜਨਮਿ ਮਰੀਜੈ ॥ ਰਾਮ ਨਾਮ ਬਿਨੁ ਦੂਖੁ ਸਹੀਜੈ ॥੨॥ ਚਾੜਸਿ ਪਵਨੁ ਸਿੰਘਾਸਨੁ ਭੀਜੈ ॥ ਨਿਉਲੀ ਕਰਮ ਖਟੁ ਕਰਮ ਕਰੀਜੈ ॥ ਰਾਮ ਨਾਮ ਬਿਨੁ ਬਿਰਥਾ ਸਾਸੁ ਲੀਜੈ ॥੩॥ ਅੰਤਰਿ ਪੰਚ ਅਗਨਿ ਕਿਉ ਧੀਰਜੁ ਧੀਜੈ ॥ ਅੰਤਰਿ ਚੋਰੁ ਕਿਉ ਸਾਦੁ ਲਹੀਜੈ ॥ ਗੁਰਮੁਖਿ ਹੋਇ ਕਾਇਆ ਗੜੁ ਲੀਜੈ ॥੪॥ ਅੰਤਰਿ ਮੈਲੁ ਤੀਰਥ ਭਰਮੀਜੈ ॥ ਮਨੁ ਨਹੀ ਸੂਚਾ ਕਿਆ ਸੋਚ ਕਰੀਜੈ ॥ ਕਿਰਤੁ ਪਇਆ ਦੋਸੁ ਕਾ ਕਉ ਦੀਜੈ ॥੫॥ ਅੰਨੁ ਨ ਖਾਹਿ ਦੇਹੀ ਦੁਖੁ ਦੀਜੈ ॥ ਬਿਨੁ ਗੁਰ ਗਿਆਨ ਤ੍ਰਿਪਤਿ ਨਹੀ ਥੀਜੈ ॥ ਮਨਮੁਖਿ ਜਨਮੈ ਜਨਮਿ ਮਰੀਜੈ ॥੬॥ ਸਤਿਗੁਰ ਪੂਛਿ ਸੰਗਤਿ ਜਨ ਕੀਜੈ ॥ ਮਨੁ ਹਰਿ ਰਾਚੈ ਨਹੀ ਜਨਮਿ ਮਰੀਜੈ ॥ ਰਾਮ ਨਾਮ ਬਿਨੁ ਕਿਆ ਕਰਮੁ ਕੀਜੈ ॥੭॥ ਊਂਦਰ ਦੂੰਦਰ ਪਾਸਿ ਧਰੀਜੈ ॥ ਧੁਰ ਕੀ ਸੇਵਾ ਰਾਮੁ ਰਵੀਜੈ ॥ ਨਾਨਕ ਨਾਮੁ ਮਿਲੈ ਕਿਰਪਾ ਪ੍ਰਭ ਕੀਜੈ ॥੮॥੫॥ ਰਾਮਕਲੀ ਮਹਲਾ ੧ ॥ ਅੰਤਰਿ ਉਤਭੁਜੁ ਅਵਰੁ ਨ ਕੋਈ ॥ ਜੋ ਕਹੀਐ ਸੋ ਪ੍ਰਭ ਤੇ ਹੋਈ ॥ ਜੁਗਹ ਜੁਗੰਤਰਿ ਸਾਹਿਬੁ ਸਚੁ ਸੋਈ ॥ ਉਤਪਤਿ ਪਰਲਉ ਅਵਰੁ ਨ ਕੋਈ ॥੧॥ ਐਸਾ ਮੇਰਾ ਠਾਕੁਰੁ ਗਹਿਰ ਗੰਭੀਰੁ ॥ ਜਿਨਿ ਜਪਿਆ ਤਿਨ ਹੀ ਸੁਖੁ ਪਾਇਆ ਹਰਿ ਕੈ ਨਾਮਿ ਨ ਲਗੈ ਜਮ ਤੀਰੁ ॥੧॥ ਰਹਾਉ ॥ ਨਾਮੁ ਰਤਨੁ ਹੀਰਾ ਨਿਰਮੋਲੁ ॥ ਸਾਚਾ ਸਾਹਿਬੁ ਅਮਰੁ ਅਤੋਲੁ ॥ ਜਿਹਵਾ ਸੂਚੀ ਸਾਚਾ ਬੋਲੁ ॥ ਘਰਿ ਦਰਿ ਸਾਚਾ ਨਾਹੀ ਰੋਲੁ ॥੨॥ ਇਕਿ ਬਨ ਮਹਿ ਬੈਸਹਿ ਡੂਗਰਿ ਅਸਥਾਨੁ ॥ ਨਾਮੁ

ਬਿਸਾਰਿ ਪਚਹਿ ਅਭਿਮਾਨੁ ॥ ਨਾਮ ਬਿਨਾ ਕਿਆ ਗਿਆਨ ਧਿਆਨੁ ॥ ਗੁਰਮੁਖਿ ਪਾਵਹਿ ਦਰਗਹਿ ਮਾਨੁ ॥੩॥ ਹਠੁ ਅਹੰਕਾਰੁ ਕਰੈ ਨਹੀ ਪਾਵੈ ॥ ਪਾਠ ਪੜੈ ਲੇ ਲੋਕ ਸੁਣਾਵੈ ॥ ਤੀਰਥਿ ਭਰਮਸਿ ਬਿਆਧਿ ਨ ਜਾਵੈ ॥ ਨਾਮ ਬਿਨਾ ਕੈਸੇ ਸੁਖੁ ਪਾਵੈ ॥੪॥ ਜਤਨ ਕਰੈ ਬਿੰਦੁ ਕਿਵੈ ਨ ਰਹਾਈ ॥ ਮਨੂਆ ਡੋਲੈ ਨਰਕੇ ਪਾਈ ॥ ਜਮ ਪੁਰਿ ਬਾਧੋ ਲਹੈ ਸਜਾਈ ॥ ਬਿਨੁ ਨਾਵੈ ਜੀਉ ਜਲਿ ਬਲਿ ਜਾਈ ॥੫॥ ਸਿਧ ਸਾਧਿਕ ਕੇਤੇ ਮੁਨਿ ਦੇਵਾ ॥ ਹਠਿ ਨਿਗ੍ਰਹਿ ਨ ਤ੍ਰਿਪਤਾਵਹਿ ਭੇਵਾ ॥ ਸਬਦੁ ਵੀਚਾਰਿ ਗਹਹਿ ਗੁਰ ਸੇਵਾ ॥ ਮਨਿ ਤਨਿ ਨਿਰਮਲ ਅਭਿਮਾਨ ਅਭੇਵਾ ॥੬॥ ਕਰਮਿ ਮਿਲੈ ਪਾਵੈ ਸਚੁ ਨਾਉ ॥ ਤੁਮ ਸਰਣਾਗਤਿ ਰਹਉ ਸੁਭਾਉ ॥ ਤੁਮ ਤੇ ਉਪਜਿਓ ਭਗਤੀ ਭਾਉ ॥ ਜਪੁ ਜਾਪਉ ਗੁਰਮੁਖਿ ਹਰਿ ਨਾਉ ॥੭॥ ਹਉਮੈ ਗਰਬੁ ਜਾਇ ਮਨ ਭੀਨੈ ॥ ਝੂਠਿ ਨ ਪਾਵਸਿ ਪਾਖੰਡਿ ਕੀਨੈ ॥ ਬਿਨੁ ਗੁਰ ਸਬਦ ਨਹੀ ਘਰੁ ਬਾਰੁ ॥ ਨਾਨਕ ਗੁਰਮੁਖਿ ਤਤੁ ਬੀਚਾਰੁ ॥੮॥੬॥ ਰਾਮਕਲੀ ਮਹਲਾ ੧ ॥ ਜਿਉ ਆਇਆ ਤਿਉ ਜਾਵਹਿ ਬਉਰੇ ਜਿਉ ਜਨਮੇ ਤਿਉ ਮਰਣੁ ਭਇਆ ॥ ਜਿਉ ਰਸ ਭੋਗ ਕੀਏ ਤੇਤਾ ਦੁਖੁ ਲਾਗੈ ਨਾਮੁ ਵਿਸਾਰਿ ਭਵਜਲਿ ਪਇਆ ॥੧॥ ਤਨੁ ਧਨੁ ਦੇਖਤ ਗਰਬਿ ਗਇਆ ॥ ਕਨਿਕ ਕਾਮਨੀ ਸਿਉ ਹੇਤੁ ਵਧਾਇਹਿ ਕੀ ਨਾਮੁ ਵਿਸਾਰਹਿ ਭਰਮਿ ਗਇਆ ॥੧॥ ਰਹਾਉ ॥ ਜਤੁ ਸਤੁ ਸੰਜਮੁ ਸੀਲੁ ਨ ਰਾਖਿਆ ਪ੍ਰੇਤ ਪਿੰਜਰ ਮਹਿ ਕਾਸਟੁ ਭਇਆ ॥ ਪੁੰਨੁ ਦਾਨੁ ਇਸਨਾਨੁ ਨ ਸੰਜਮੁ ਸਾਧਸੰਗਤਿ ਬਿਨੁ ਬਾਦਿ ਜਇਆ ॥੨॥ ਲਾਲਚਿ ਲਾਗੈ ਨਾਮੁ ਬਿਸਾਰਿਓ ਆਵਤ ਜਾਵਤ ਜਨਮੁ ਗਇਆ ॥ ਜਾ ਜਮੁ ਧਾਇ ਕੇਸ ਗਹਿ ਮਾਰੈ ਸੁਰਤਿ ਨਹੀ ਮੁਖਿ ਕਾਲ ਗਇਆ ॥੩॥ ਅਹਿਨਿਸਿ ਨਿੰਦਾ ਤਾਤਿ ਪਰਾਈ ਹਿਰਦੈ ਨਾਮੁ ਨ ਸਰਬ ਦਇਆ ॥ ਬਿਨੁ ਗੁਰ ਸਬਦ ਨ ਗਤਿ ਪਤਿ ਪਾਵਹਿ ਰਾਮ ਨਾਮ ਬਿਨੁ ਨਰਕਿ ਗਇਆ ॥੪॥ ਖਿਨ ਮਹਿ ਵੇਸ ਕਰਹਿ ਨਟੂਆ ਜਿਉ ਮੋਹ ਪਾਪ ਮਹਿ ਗਲਤੁ ਗਇਆ ॥ ਇਤ ਉਤ ਮਾਇਆ ਦੇਖਿ ਪਸਾਰੀ ਮੋਹ ਮਾਇਆ ਕੈ ਮਗਨੁ ਭਇਆ ॥੫॥ ਕਰਹਿ ਬਿਕਾਰ ਵਿਥਾਰ ਘਨੇਰੇ ਸੁਰਤਿ ਸਬਦ ਬਿਨੁ ਭਰਮਿ ਪਇਆ ॥ ਹਉਮੈ ਰੋਗੁ ਮਹਾ ਦੁਖੁ ਲਾਗਾ ਗੁਰਮਤਿ ਲੇਵਹੁ ਰੋਗੁ ਗਇਆ ॥੬॥ ਸੁਖ ਸੰਪਤਿ ਕਉ ਆਵਤ ਦੇਖੈ ਸਾਕਤ ਮਨਿ ਅਭਿਮਾਨੁ ਭਇਆ ॥ ਜਿਸ ਕਾ ਇਹੁ ਤਨੁ ਧਨੁ ਸੋ ਫਿਰਿ ਲੇਵੈ ਅੰਤਰਿ ਸਹਸਾ ਦੂਖੁ ਪਇਆ ॥੭॥ ਅੰਤਿ ਕਾਲਿ ਕਿਛੁ ਸਾਥਿ ਨ ਚਾਲੈ ਜੋ ਦੀਸੈ ਸਭੁ

ਤਿਸਹਿ ਮਇਆ ॥ ਆਦਿ ਪੁਰਖੁ ਅਪਰੰਪਰੁ ਸੋ ਪ੍ਰਭੁ ਹਰਿ ਨਾਮੁ ਰਿਦੈ ਲੈ ਪਾਰਿ ਪਇਆ ॥੮॥ ਮੂਏ ਕਉ ਰੋਵਹਿ ਕਿਸਹਿ ਸੁਣਾਵਹਿ ਭੈ ਸਾਗਰ ਅਸਰਾਲਿ ਪਇਆ ॥ ਦੇਖਿ ਕੁਟੰਬੁ ਮਾਇਆ ਗ੍ਰਿਹ ਮੰਦਰੁ ਸਾਕਤੁ ਜੰਜਾਲਿ ਪਰਾਲਿ ਪਇਆ ॥੯॥ ਜਾ ਆਏ ਤਾ ਤਿਨਹਿ ਪਠਾਏ ਚਾਲੇ ਤਿਨੈ ਬੁਲਾਇ ਲਇਆ ॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਬਖਸਣਹਾਰੈ ਬਖਸਿ ਲਇਆ ॥੧੦॥ ਜਿਨਿ ਏਹੁ ਚਾਖਿਆ ਰਾਮ ਰਸਾਇਣੁ ਤਿਨ ਕੀ ਸੰਗਤਿ ਖੋਜੁ ਭਇਆ ॥ ਰਿਧਿ ਸਿਧਿ ਬੁਧਿ ਗਿਆਨੁ ਗੁਰੂ ਤੇ ਪਾਇਆ ਮੁਕਤਿ ਪਦਾਰਥੁ ਸਰਣਿ ਪਇਆ ॥੧੧॥ ਦੁਖੁ ਸੁਖੁ ਗੁਰਮੁਖਿ ਸਮ ਕਰਿ ਜਾਣਾ ਹਰਖ ਸੋਗ ਤੇ ਬਿਰਕਤੁ ਭਇਆ ॥ ਆਪੁ ਮਾਰਿ ਗੁਰਮੁਖਿ ਹਰਿ ਪਾਏ ਨਾਨਕ ਸਹਜਿ ਸਮਾਇ ਲਇਆ ॥੧੨॥੭॥ ਰਾਮਕਲੀ ਦਖਣੀ ਮਹਲਾ ੧ ॥ ਜਤੁ ਸਤੁ ਸੰਜਮੁ ਸਾਚੁ ਦ੍ਰਿੜਾਇਆ ਸਾਚ ਸਬਦਿ ਰਸਿ ਲੀਣਾ ॥੧॥ ਮੇਰਾ ਗੁਰੁ ਦਇਆਲੁ ਸਦਾ ਰੰਗਿ ਲੀਣਾ ॥ ਅਹਿਨਿਸਿ ਰਹੈ ਏਕ ਲਿਵ ਲਾਗੀ ਸਾਚੇ ਦੇਖਿ ਪਤੀਣਾ ॥੧॥ ਰਹਾਉ ॥ ਰਹੈ ਗਗਨ ਪੁਰਿ ਦ੍ਰਿਸਟਿ ਸਮੈਸਰਿ ਅਨਹਤ ਸਬਦਿ ਰੰਗੀਣਾ ॥੨॥ ਸਤੁ ਬੰਧਿ ਕੁਪੀਨ ਭਰਿਪੁਰਿ ਲੀਣਾ ਜਿਹਵਾ ਰੰਗਿ ਰਸੀਣਾ ॥੩॥ ਮਿਲੈ ਗੁਰ ਸਾਚੇ ਜਿਨਿ ਰਚੁ ਰਾਚੇ ਕਿਰਤੁ ਵੀਚਾਰਿ ਪਤੀਣਾ ॥੪॥ ਏਕ ਮਹਿ ਸਰਬ ਸਰਬ ਮਹਿ ਏਕਾ ਏਹ ਸਤਿਗੁਰਿ ਦੇਖਿ ਦਿਖਾਈ ॥੫॥ ਜਿਨਿ ਕੀਏ ਖੰਡ ਮੰਡਲ ਬ੍ਰਹਮੰਡਾ ਸੋ ਪ੍ਰਭੁ ਲਖਨੁ ਨ ਜਾਈ ॥੬॥ ਦੀਪਕ ਤੇ ਦੀਪਕੁ ਪਰਗਾਸਿਆ ਤ੍ਰਿਭਵਣ ਜੋਤਿ ਦਿਖਾਈ ॥੭॥ ਸਚੈ ਤਖਤਿ ਸਚ ਮਹਲੀ ਬੈਠੇ ਨਿਰਭਉ ਤਾੜੀ ਲਾਈ ॥੮॥ ਮੋਹਿ ਗਇਆ ਬੈਰਾਗੀ ਜੋਗੀ ਘਟਿ ਘਟਿ ਕਿੰਗੁਰੀ ਵਾਈ ॥੯॥ ਨਾਨਕ ਸਰਣਿ ਪ੍ਰਭੂ ਕੀ ਛੂਟੇ ਸਤਿਗੁਰ ਸਚੁ ਸਖਾਈ ॥੧੦॥੮॥ ਰਾਮਕਲੀ ਮਹਲਾ ੧ ॥ ਅਉਹਠਿ ਹਸਤ ਮੜੀ ਘਰੁ ਛਾਇਆ ਧਰਣਿ ਗਗਨ ਕਲ ਧਾਰੀ ॥੧॥ ਗੁਰਮੁਖਿ ਕੇਤੀ ਸਬਦਿ ਉਧਾਰੀ ਸੰਤਹੁ ॥੧॥ ਰਹਾਉ ॥ ਮਮਤਾ ਮਾਰਿ ਹਉਮੈ ਸੋਖੈ ਤ੍ਰਿਭਵਣਿ ਜੋਤਿ ਤੁਮਾਰੀ ॥੨॥ ਮਨਸਾ ਮਾਰਿ ਮਨੈ ਮਹਿ ਰਾਖੈ ਸਤਿਗੁਰ ਸਬਦਿ ਵੀਚਾਰੀ ॥੩॥ ਸਿੰਙੀ ਸੁਰਤਿ ਅਨਾਹਦਿ ਵਾਜੈ ਘਟਿ ਘਟਿ ਜੋਤਿ ਤੁਮਾਰੀ ॥੪॥ ਪਰਪੰਚ ਬੇਣੁ ਤਹੀ ਮਨੁ ਰਾਖਿਆ ਬ੍ਰਹਮ ਅਗਨਿ ਪਰਜਾਰੀ ॥੫॥ ਪੰਚ ਤਤੁ ਮਿਲਿ ਅਹਿਨਿਸਿ ਦੀਪਕੁ ਨਿਰਮਲ ਜੋਤਿ ਅਪਾਰੀ ॥੬॥ ਰਵਿ ਸਸਿ ਲਉਕੇ ਇਹੁ ਤਨੁ ਕਿੰਗੁਰੀ ਵਾਜੈ ਸਬਦੁ ਨਿਰਾਰੀ ॥੭॥ ਸਿਵ ਨਗਰੀ ਮਹਿ

ਆਸਣੁ ਅਉਧੂ ਅਲਖੁ ਅਗੰਮੁ ਅਪਾਰੀ ॥੮॥ ਕਾਇਆ ਨਗਰੀ ਇਹੁ ਮਨੁ ਰਾਜਾ ਪੰਚ ਵਸਹਿ ਵੀਚਾਰੀ ॥੯॥ ਸਬਦਿ ਰਵੈ ਆਸਣਿ ਘਰਿ ਰਾਜਾ ਅਦਲੁ ਕਰੇ ਗੁਣਕਾਰੀ ॥੧੦॥ ਕਾਲੁ ਬਿਕਾਲੁ ਕਹੇ ਕਹਿ ਬਪੁਰੇ ਜੀਵਤ ਮੂਆ ਮਨੁ ਮਾਰੀ ॥੧੧॥ ਬ੍ਰਹਮਾ ਬਿਸਨੁ ਮਹੇਸ ਇਕ ਮੂਰਤਿ ਆਪੇ ਕਰਤਾ ਕਾਰੀ ॥੧੨॥ ਕਾਇਆ ਸੋਧਿ ਤਰੈ ਭਵ ਸਾਗਰੁ ਆਤਮ ਤਤੁ ਵੀਚਾਰੀ ॥੧੩॥ ਗੁਰ ਸੇਵਾ ਤੇ ਸਦਾ ਸੁਖੁ ਪਾਇਆ ਅੰਤਰਿ ਸਬਦੁ ਰਵਿਆ ਗੁਣਕਾਰੀ ॥੧੪॥ ਆਪੇ ਮੇਲਿ ਲਏ ਗੁਣਦਾਤਾ ਹਉਮੈ ਤ੍ਰਿਸਨਾ ਮਾਰੀ ॥੧੫॥ ਤ੍ਰੈ ਗੁਣ ਮੇਟੇ ਚਉਥੈ ਵਰਤੈ ਏਹਾ ਭਗਤਿ ਨਿਰਾਰੀ ॥੧੬॥ ਗੁਰਮੁਖਿ ਜੋਗ ਸਬਦਿ ਆਤਮੁ ਚੀਨੈ ਹਿਰਦੈ ਏਕੁ ਮੁਰਾਰੀ ॥੧੭॥ ਮਨੂਆ ਅਸਥਿਰੁ ਸਬਦੇ ਰਾਤਾ ਏਹਾ ਕਰਣੀ ਸਾਰੀ ॥੧੮॥ ਬੇਦੁ ਬਾਦੁ ਨ ਪਾਖੰਡੁ ਅਉਧੂ ਗੁਰਮੁਖਿ ਸਬਦਿ ਬੀਚਾਰੀ ॥੧੯॥ ਗੁਰਮੁਖਿ ਜੋਗੁ ਕਮਾਵੈ ਅਉਧੂ ਜਤੁ ਸਤੁ ਸਬਦਿ ਵੀਚਾਰੀ ॥੨੦॥ ਸਬਦਿ ਮਰੈ ਮਨੁ ਮਾਰੇ ਅਉਧੂ ਜੋਗ ਜੁਗਤਿ ਵੀਚਾਰੀ ॥੨੧॥ ਮਾਇਆ ਮੋਹੁ ਭਵਜਲੁ ਹੈ ਅਵਧੂ ਸਬਦਿ ਤਰੈ ਕੁਲ ਤਾਰੀ ॥੨੨॥ ਸਬਦਿ ਸੂਰ ਜੁਗ ਚਾਰੇ ਅਉਧੂ ਬਾਣੀ ਭਗਤਿ ਵੀਚਾਰੀ ॥੨੩॥ ਏਹੁ ਮਨੁ ਮਾਇਆ ਮੋਹਿਆ ਅਉਧੂ ਨਿਕਸੈ ਸਬਦਿ ਵੀਚਾਰੀ ॥੨੪॥ ਆਪੇ ਬਖਸੇ ਮੇਲਿ ਮਿਲਾਏ ਨਾਨਕ ਸਰਣਿ ਤੁਮਾਰੀ ॥੨੫॥੯॥

ਅੰਗ 908 ਤੋਂ ਰਾਮਕਲੀ ਮਹਲਾ ੩ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 912 ਤੱਕ ਹੈ।

ਅੰਗ 912 ਤੋਂ ਰਾਮਕਲੀ ਮਹਲਾ ੫ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 916 ਤੱਕ ਹੈ।

ਅੰਗ 916 ਤੋਂ ਰਾਮਕਲੀ ਮਹਲਾ ੩ ਅਨੰਦੁ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 922 ਤੱਕ ਹੈ।

ਅੰਗ 922 ਤੋਂ ਰਾਮਕਲੀ ਸਦੁ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 924 ਤੱਕ ਹੈ।

ਅੰਗ 924 ਤੋਂ ਰਾਮਕਲੀ ਮਹਲਾ ੫ ਛੰਤ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 927 ਤੱਕ ਹੈ।

ਅੰਗ 927 ਤੋਂ ਰਾਮਕਲੀ ਮਹਲਾ ੫ ਰੁਤੀ ਸਲੋਕੁ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 929 ਤੱਕ ਹੈ।

ਰਾਮਕਲੀ ਮਹਲਾ ੧ ਦਖਣੀ ਓਅੰਕਾਰੁ

ਅੰਗ 929 ਤੋਂ ਰਾਮਕਲੀ ਮਹਲਾ ੧ ਦਖਣੀ ਓਅੰਕਾਰੁ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 938 ਤੱਕ ਹੈ।

ਰਾਮਕਲੀ ਮਹਲਾ ੧ ਦਖਣੀ ਓਅੰਕਾਰੁ ੴ ਸਤਿਗੁਰ ਪ੍ਰਸਾਦਿ ॥

ਓਅੰਕਾਰਿ ਬ੍ਰਹਮਾ ਉਤਪਤਿ ॥ ਓਅੰਕਾਰੁ ਕੀਆ ਜਿਨਿ ਚਿਤਿ ॥ ਓਅੰਕਾਰਿ ਸੈਲ ਜੁਗ ਭਏ ॥ ਓਅੰਕਾਰਿ ਬੇਦ ਨਿਰਮਏ ॥ ਓਅੰਕਾਰਿ ਸਬਦਿ ਉਧਰੇ ॥ ਓਅੰਕਾਰਿ ਗੁਰਮੁਖਿ ਤਰੇ ॥ ਓਨਮ ਅਖਰ ਸੁਣਹੁ ਬੀਚਾਰੁ ॥ ਓਨਮ ਅਖਰੁ ਤ੍ਰਿਭਵਣ ਸਾਰੁ ॥੧॥ ਸੁਣਿ ਪਾਡੇ ਕਿਆ ਲਿਖਹੁ ਜੰਜਾਲਾ ॥ ਲਿਖੁ ਰਾਮ ਨਾਮ ਗੁਰਮੁਖਿ ਗੋਪਾਲਾ ॥੧॥ ਰਹਾਉ ॥ ਸਸੈ ਸਭੁ ਜਗੁ ਸਹਜਿ ਉਪਾਇਆ ਤੀਨਿ ਭਵਨ ਇਕ ਜੋਤੀ ॥ ਗੁਰਮੁਖਿ ਵਸਤੁ ਪਰਾਪਤਿ ਹੋਵੈ ਚੁਣਿ ਲੈ ਮਾਣਕ ਮੋਤੀ ॥ ਸਮਝੈ ਸੂਝੈ ਪੜਿ ਪੜਿ ਬੂਝੈ ਅੰਤਿ ਨਿਰੰਤਰਿ ਸਾਚਾ ॥ ਗੁਰਮੁਖਿ ਦੇਖੈ ਸਾਚੁ ਸਮਾਲੇ ਬਿਨੁ ਸਾਚੇ ਜਗੁ ਕਾਚਾ ॥੨॥ ਧਧੈ ਧਰਮੁ ਧਰੇ ਧਰਮਾ ਪੁਰਿ ਗੁਣਕਾਰੀ ਮਨੁ ਧੀਰਾ ॥ ਧਧੈ ਧੂਲਿ ਪੜੈ ਮੁਖਿ ਮਸਤਕਿ ਕੰਚਨ ਭਏ ਮਨੂਰਾ ॥ ਧਨੁ ਧਰਣੀਧਰੁ ਆਪਿ ਅਜੋਨੀ ਤੋਲਿ ਬੋਲਿ ਸਚੁ ਪੂਰਾ ॥ ਕਰਤੇ ਕੀ ਮਿਤਿ ਕਰਤਾ ਜਾਣੈ ਕੈ ਜਾਣੈ ਗੁਰੁ ਸੂਰਾ ॥੩॥ ਙਿਆਨੁ ਗਵਾਇਆ ਦੂਜਾ ਭਾਇਆ ਗਰਬਿ ਗਲੇ ਬਿਖੁ ਖਾਇਆ ॥ ਗੁਰ ਰਸੁ ਗੀਤ ਬਾਦ ਨਹੀ ਭਾਵੈ ਸੁਣੀਐ ਗਹਿਰ ਗੰਭੀਰੁ ਗਵਾਇਆ ॥ ਗੁਰਿ ਸਚੁ ਕਹਿਆ ਅੰਮ੍ਰਿਤੁ ਲਹਿਆ ਮਨਿ ਤਨਿ ਸਾਚੁ ਸੁਖਾਇਆ ॥ ਆਪੇ ਗੁਰਮੁਖਿ ਆਪੇ ਦੇਵੈ ਆਪੇ ਅੰਮ੍ਰਿਤੁ ਪੀਆਇਆ ॥੪॥ ਏਕੋ ਏਕੁ ਕਹੈ ਸਭੁ ਕੋਈ ਹਉਮੈ ਗਰਬੁ ਵਿਆਪੈ ॥ ਅੰਤਰਿ ਬਾਹਰਿ ਏਕੁ ਪਛਾਣੈ ਇਉ ਘਰੁ ਮਹਲੁ ਸਿਵਾਪੈ ॥ ਪ੍ਰਭੁ ਨੇੜੈ ਹਰਿ ਦੂਰਿ ਨ ਜਾਣਹੁ ਏਕੋ ਸ੍ਰਿਸਟਿ ਸਬਾਈ ॥ ਏਕੰਕਾਰੁ ਅਵਰੁ ਨਹੀ ਦੂਜਾ ਨਾਨਕ ਏਕੁ ਸਮਾਈ ॥੫॥ ਇਸੁ ਕਰਤੇ ਕਉ ਕਿਉ ਗਹਿ ਰਾਖਉ ਅਫਰਿਓ ਤੁਲਿਓ ਨ ਜਾਈ ॥ ਮਾਇਆ ਕੇ ਦੇਵਾਨੇ ਪ੍ਰਾਣੀ ਝੂਠਿ ਠਗਉਰੀ ਪਾਈ ॥ ਲਬਿ ਲੋਭਿ ਮੁਹਤਾਜਿ ਵਿਗੂਤੇ ਇਬ ਤਬ ਫਿਰਿ ਪੁਛਤਾਈ ॥ ਏਕੁ ਸਰੇਵੈ ਤਾ ਗਤਿ ਮਿਤਿ ਪਾਵੈ ਆਵਣੁ ਜਾਣੁ ਰਹਾਈ ॥੬॥ ਏਕੁ ਅਚਾਰੁ ਰੰਗੁ ਇਕੁ ਰੂਪੁ ॥ ਪਉਣ ਪਾਣੀ ਅਗਨੀ ਅਸਰੂਪੁ ॥ ਏਕੋ ਭਵਰੁ ਭਵੈ ਤਿਹੁ ਲੋਇ ॥ ਏਕੋ ਬੂਝੈ ਸੂਝੈ ਪਤਿ ਹੋਇ ॥ ਗਿਆਨੁ ਧਿਆਨੁ ਲੇ ਸਮਸਰਿ ਰਹੈ ॥ ਗੁਰਮੁਖਿ ਏਕੁ ਵਿਰਲਾ ਕੋ ਲਹੈ ॥ ਜਿਸ ਨੋ ਦੇਇ ਕਿਰਪਾ ਤੇ ਸੁਖੁ ਪਾਏ ॥ ਗੁਰੂ ਦੁਆਰੈ ਆਖਿ ਸੁਣਾਏ ॥੭॥ ਊਰਮ ਧੂਰਮ ਜੋਤਿ ਉਜਾਲਾ ॥ ਤੀਨਿ ਭਵਣ ਮਹਿ ਗੁਰ ਗੋਪਾਲਾ ॥ ਊਗਵਿਆ ਅਸਰੂਪੁ ਦਿਖਾਵੈ ॥ ਕਰਿ ਕਿਰਪਾ ਅਪੁਨੈ ਘਰਿ ਆਵੈ ॥ ਊਨਵਿ ਬਰਸੈ ਨੀਝਰ ਧਾਰਾ ॥ ਊਤਮ ਸਬਦਿ

ਸਵਾਰਣਹਾਰਾ ॥ ਇਸੁ ਏਕੇ ਕਾ ਜਾਣੈ ਭੇਉ ॥ ਆਪੇ ਕਰਤਾ ਆਪੇ ਦੇਉ ॥੮॥ ਉਗਵੈ ਸੂਰੁ ਅਸੁਰ ਸੰਘਾਰੈ ॥ ਊਚਉ ਦੇਖਿ ਸਬਦਿ ਬੀਚਾਰੈ ॥ ਊਪਰਿ ਆਦਿ ਅੰਤਿ ਤਿਹੁ ਲੋਇ ॥ ਆਪੇ ਕਰੈ ਕਥੈ ਸੁਣੈ ਸੋਇ ॥ ਓਹੁ ਬਿਧਾਤਾ ਮਨੁ ਤਨੁ ਦੇਇ ॥ ਓਹੁ ਬਿਧਾਤਾ ਮਨਿ ਮੁਖਿ ਸੋਇ ॥ ਪ੍ਰਭੁ ਜਗਜੀਵਨੁ ਅਵਰੁ ਨ ਕੋਇ ॥ ਨਾਨਕ ਨਾਮਿ ਰਤੇ ਪਤਿ ਹੋਇ ॥੯॥ ਰਾਜਨ ਰਾਮ ਰਵੈ ਹਿਤਕਾਰਿ ॥ ਰਣ ਮਹਿ ਲੂਝੈ ਮਨੂਆ ਮਾਰਿ ॥ ਰਾਤਿ ਦਿਨੰਤਿ ਰਹੈ ਰੰਗਿ ਰਾਤਾ ॥ ਤੀਨਿ ਭਵਨ ਜੁਗ ਚਾਰੇ ਜਾਤਾ ॥ ਜਿਨਿ ਜਾਤਾ ਸੋ ਤਿਸ ਹੀ ਜੇਹਾ ॥ ਅਤਿ ਨਿਰਮਾਇਲੁ ਸੀਝਸਿ ਦੇਹਾ ॥ ਰਹਸੀ ਰਾਮੁ ਰਿਦੈ ਇਕ ਭਾਇ ॥ ਅੰਤਰਿ ਸਬਦੁ ਸਾਚਿ ਲਿਵ ਲਾਇ ॥੧੦॥ ਰੋਸੁ ਨ ਕੀਜੈ ਅੰਮ੍ਰਿਤੁ ਪੀਜੈ ਰਹਣੁ ਨਹੀ ਸੰਸਾਰੇ ॥ ਰਾਜੇ ਰਾਇ ਰੰਕ ਨਹੀ ਰਹਣਾ ਆਇ ਜਾਇ ਜੁਗ ਚਾਰੇ ॥ ਰਹਣ ਕਹਣ ਤੇ ਰਹੈ ਨ ਕੋਈ ਕਿਸੁ ਪਹਿ ਕਰਉ ਬਿਨੰਤੀ ॥ ਏਕੁ ਸਬਦੁ ਰਾਮ ਨਾਮ ਨਿਰੋਧਰੁ ਗੁਰੁ ਦੇਵੈ ਪਤਿ ਮਤੀ ॥੧੧॥ ਲਾਜ ਮਰੰਤੀ ਮਰਿ ਗਈ ਘੂਘਟੁ ਖੋਲਿ ਚਲੀ ॥ ਸਾਸੁ ਦਿਵਾਨੀ ਬਾਵਰੀ ਸਿਰ ਤੇ ਸੰਕ ਟਲੀ ॥ ਪ੍ਰੇਮਿ ਬੁਲਾਈ ਰਲੀ ਸਿਉ ਮਨ ਮਹਿ ਸਬਦੁ ਅਨੰਦੁ ॥ ਲਾਲਿ ਰਤੀ ਲਾਲੀ ਭਈ ਗੁਰਮੁਖਿ ਭਈ ਨਿਚਿੰਦੁ ॥੧੨॥ ਲਾਹਾ ਨਾਮੁ ਰਤਨੁ ਜਪਿ ਸਾਰੁ ॥ ਲਬੁ ਲੋਭੁ ਬੁਰਾ ਅਹੰਕਾਰੁ ॥ ਲਾੜੀ ਚਾੜੀ ਲਾਇਤਬਾਰੁ ॥ ਮਨਮੁਖੁ ਅੰਧਾ ਮੁਗਧੁ ਗਵਾਰੁ ॥ ਲਾਹੇ ਕਾਰਣਿ ਆਇਆ ਜਗਿ ॥ ਹੋਇ ਮਜੂਰੁ ਗਇਆ ਠਗਾਇ ਠਗਿ ॥ ਲਾਹਾ ਨਾਮੁ ਪੂੰਜੀ ਵੇਸਾਹੁ ॥ ਨਾਨਕ ਸਚੀ ਪਤਿ ਸਚਾ ਪਾਤਿਸਾਹੁ ॥੧੩॥ ਆਇ ਵਿਗੂਤਾ ਜਗੁ ਜਮ ਪੰਥੁ ॥ ਆਈ ਨ ਮੇਟਣ ਕੋ ਸਮਰਥੁ ॥ ਆਥਿ ਸੈਲ ਨੀਚ ਘਰਿ ਹੋਇ ॥ ਆਥਿ ਦੇਖਿ ਨਿਵੈ ਜਿਸੁ ਦੋਇ ॥ ਆਥਿ ਹੋਇ ਤਾ ਮੁਗਧੁ ਸਿਆਨਾ ॥ ਭਗਤਿ ਬਿਹੂਨਾ ਜਗੁ ਬਉਰਾਨਾ ॥ ਸਭ ਮਹਿ ਵਰਤੈ ਏਕੋ ਸੋਇ ॥ ਜਿਸ ਨੋ ਕਿਰਪਾ ਕਰੇ ਤਿਸੁ ਪਰਗਟੁ ਹੋਇ ॥੧੪॥ ਜੁਗਿ ਜੁਗਿ ਥਾਪਿ ਸਦਾ ਨਿਰਵੈਰੁ ॥ ਜਨਮਿ ਮਰਣਿ ਨਹੀ ਧੰਧਾ ਧੈਰੁ ॥ ਜੋ ਦੀਸੈ ਸੋ ਆਪੇ ਆਪਿ ॥ ਆਪਿ ਉਪਾਇ ਆਪੇ ਘਟ ਥਾਪਿ ॥ ਆਪਿ ਅਗੋਚਰੁ ਧੰਧੈ ਲੋਈ ॥ ਜੋਗ ਜੁਗਤਿ ਜਗਜੀਵਨੁ ਸੋਈ ॥ ਕਰਿ ਆਚਾਰੁ ਸਚੁ ਸੁਖੁ ਹੋਈ ॥ ਨਾਮ ਵਿਹੂਣਾ ਮੁਕਤਿ ਕਿਵ ਹੋਈ ॥੧੫॥ ਵਿਣੁ ਨਾਵੈ ਵੇਰੋਧੁ ਸਰੀਰ ॥ ਕਿਉ ਨ ਮਿਲਹਿ ਕਾਟਹਿ ਮਨ ਪੀਰ ॥ ਵਾਟ ਵਟਾਊ

ਆਵੈ ਜਾਇ ॥ ਕਿਆ ਲੇ ਆਇਆ ਕਿਆ ਪਲੈ ਪਾਇ ॥ ਵਿਣੁ ਨਾਵੈ ਤੋਟਾ ਸਭ ਥਾਇ ॥ ਲਾਹਾ ਮਿਲੈ ਜਾ ਦੇਇ ਬੁਝਾਇ ॥ ਵਣਜੁ ਵਾਪਾਰੁ ਵਣਜੈ ਵਾਪਾਰੀ ॥ ਵਿਣੁ ਨਾਵੈ ਕੈਸੀ ਪਤਿ ਸਾਰੀ ॥੧੬॥ ਗੁਣ ਵੀਚਾਰੇ ਗਿਆਨੀ ਸੋਇ ॥ ਗੁਣ ਮਹਿ ਗਿਆਨੁ ਪਰਾਪਤਿ ਹੋਇ ॥ ਗੁਣਦਾਤਾ ਵਿਰਲਾ ਸੰਸਾਰਿ ॥ ਸਾਚੀ ਕਰਣੀ ਗੁਰ ਵੀਚਾਰਿ ॥ ਅਗਮ ਅਗੋਚਰ ਕੀਮਤਿ ਨਹੀ ਪਾਇ ॥ ਤਾ ਮਿਲੀਐ ਜਾ ਲਏ ਮਿਲਾਇ ॥ ਗੁਣਵੰਤੀ ਗੁਣ ਸਾਰੇ ਨੀਤ ॥ ਨਾਨਕ ਗੁਰਮਤਿ ਮਿਲੀਐ ਮੀਤ ॥੧੭॥ ਕਾਮੁ ਕ੍ਰੋਧੁ ਕਾਇਆ ਕਉ ਗਾਲੈ ॥ ਜਿਉ ਕੰਚਨ ਸੋਹਾਗਾ ਢਾਲੈ ॥ ਕਸਿ ਕਸਵਟੀ ਸਹੈ ਸੁ ਤਾਉ ॥ ਨਦਰਿ ਸਰਾਫ ਵੰਨੀ ਸਚੜਾਉ ॥ ਜਗਤੁ ਪਸੂ ਅਹੰ ਕਾਲੁ ਕਸਾਈ ॥ ਕਰਿ ਕਰਤੈ ਕਰਣੀ ਕਰਿ ਪਾਈ ॥ ਜਿਨਿ ਕੀਤੀ ਤਿਨਿ ਕੀਮਤਿ ਪਾਈ ॥ ਹੋਰ ਕਿਆ ਕਹੀਐ ਕਿਛੁ ਕਹਣੁ ਨ ਜਾਈ ॥੧੮॥ ਖੋਜਤ ਖੋਜਤ ਅੰਮ੍ਰਿਤੁ ਪੀਆ ॥ ਖਿਮਾ ਗਹੀ ਮਨੁ ਸਤਗੁਰਿ ਦੀਆ ॥ ਖਰਾ ਖਰਾ ਆਖੈ ਸਭੁ ਕੋਇ ॥ ਖਰਾ ਰਤਨੁ ਜੁਗ ਚਾਰੇ ਹੋਇ ॥ ਖਾਤ ਪੀਅੰਤ ਮੂਏ ਨਹੀ ਜਾਨਿਆ ॥ ਖਿਨ ਮਹਿ ਮੂਏ ਜਾ ਸਬਦੁ ਪਛਾਨਿਆ ॥ ਅਸਥਿਰੁ ਚੀਤੁ ਮਰਨਿ ਮਨੁ ਮਾਨਿਆ ॥ ਗੁਰ ਕਿਰਪਾ ਤੇ ਨਾਮੁ ਪਛਾਨਿਆ ॥੧੯॥ ਗਗਨ ਗੰਭੀਰੁ ਗਗਨੰਤਰਿ ਵਾਸੁ ॥ ਗੁਣ ਗਾਵੈ ਸੁਖ ਸਹਜਿ ਨਿਵਾਸੁ ॥ ਗਇਆ ਨ ਆਵੈ ਆਇ ਨ ਜਾਇ ॥ ਗੁਰ ਪਰਸਾਦਿ ਰਹੈ ਲਿਵ ਲਾਇ ॥ ਗਗਨੁ ਅਗੰਮੁ ਅਨਾਥੁ ਅਜੋਨੀ ॥ ਅਸਥਿਰੁ ਚੀਤੁ ਸਮਾਧਿ ਸਗੋਨੀ ॥ ਹਰਿ ਨਾਮੁ ਚੇਤਿ ਫਿਰਿ ਪਵਹਿ ਨ ਜੂਨੀ ॥ ਗੁਰਮਤਿ ਸਾਰੁ ਹੋਰ ਨਾਮ ਬਿਹੂਨੀ ॥੨੦॥ ਘਰ ਦਰ ਫਿਰਿ ਥਾਕੀ ਬਹੁਤੇਰੇ ॥ ਜਾਤਿ ਅਸੰਖ ਅੰਤ ਨਹੀ ਮੇਰੇ ॥ ਕੇਤੇ ਮਾਤ ਪਿਤਾ ਸੁਤ ਧੀਆ ॥ ਕੇਤੇ ਗੁਰ ਚੇਲੇ ਫੁਨਿ ਹੂਆ ॥ ਕਾਚੇ ਗੁਰ ਤੇ ਮੁਕਤਿ ਨ ਹੂਆ ॥ ਕੇਤੀ ਨਾਰਿ ਵਰੁ ਏਕੁ ਸਮਾਲਿ ॥ ਗੁਰਮੁਖਿ ਮਰਣੁ ਜੀਵਣੁ ਪ੍ਰਭ ਨਾਲਿ ॥ ਦਹ ਦਿਸ ਢੂਢਿ ਘਰੈ ਮਹਿ ਪਾਇਆ ॥ ਮੇਲੁ ਭਇਆ ਸਤਿਗੁਰੂ ਮਿਲਾਇਆ ॥੨੧॥ ਗੁਰਮੁਖਿ ਗਾਵੈ ਗੁਰਮੁਖਿ ਬੋਲੈ ॥ ਗੁਰਮੁਖਿ ਤੋਲਿ ਤੁੋਲਾਵੈ ਤੋਲੈ ॥ ਗੁਰਮੁਖਿ ਆਵੈ ਜਾਇ ਨਿਸੰਗੁ ॥ ਪਰਹਰਿ ਮੈਲੁ ਜਲਾਇ ਕਲੰਕੁ ॥ ਗੁਰਮੁਖਿ ਨਾਦ ਬੇਦ ਬੀਚਾਰੁ ॥ ਗੁਰਮੁਖਿ ਮਜਨੁ ਚਜੁ ਅਚਾਰੁ ॥ ਗੁਰਮੁਖਿ ਸਬਦੁ ਅੰਮ੍ਰਿਤੁ ਹੈ ਸਾਰੁ ॥ ਨਾਨਕ ਗੁਰਮੁਖਿ ਪਾਵੈ ਪਾਰੁ ॥੨੨॥ ਚੰਚਲੁ ਚੀਤੁ ਨ ਰਹਈ ਠਾਇ ॥ ਚੋਰੀ

ਮਿਰਗੁ ਅੰਗੂਰੀ ਖਾਇ ॥ ਚਰਨ ਕਮਲ ਉਰ ਧਾਰੇ ਚੀਤ ॥ ਚਿਰੁ ਜੀਵਨੁ ਚੇਤਨੁ ਨਿਤ ਨੀਤ ॥ ਚਿੰਤਤ ਹੀ ਦੀਸੈ ਸਭੁ ਕੋਇ ॥ ਚੇਤਹਿ ਏਕੁ ਤਹੀ ਸੁਖੁ ਹੋਇ ॥ ਚਿਤਿ ਵਸੈ ਰਾਚੈ ਹਰਿ ਨਾਇ ॥ ਮੁਕਤਿ ਭਇਆ ਪਤਿ ਸਿਉ ਘਰਿ ਜਾਇ ॥੨੩॥ ਛੀਜੈ ਦੇਹ ਖੁਲੈ ਇਕ ਗੰਢਿ ॥ ਛੇਆ ਨਿਤ ਦੇਖਹੁ ਜਗਿ ਹੰਢਿ ॥ ਧੂਪ ਛਾਵ ਜੇ ਸਮ ਕਰਿ ਜਾਣੈ ॥ ਬੰਧਨ ਕਾਟਿ ਮੁਕਤਿ ਘਰਿ ਆਣੈ ॥ ਛਾਇਆ ਛੂਛੀ ਜਗਤੁ ਭੁਲਾਨਾ ॥ ਲਿਖਿਆ ਕਿਰਤੁ ਧੁਰੇ ਪਰਵਾਨਾ ॥ ਛੀਜੈ ਜੋਬਨੁ ਜਰੂਆ ਸਿਰਿ ਕਾਲੁ ॥ ਕਾਇਆ ਛੀਜੈ ਭਈ ਸਿਬਾਲੁ ॥੨੪॥ ਜਾਪੈ ਆਪਿ ਪ੍ਰਭੂ ਤਿਹੁ ਲੋਇ ॥ ਜੁਗਿ ਜੁਗਿ ਦਾਤਾ ਅਵਰੁ ਨ ਕੋਇ ॥ ਜਿਉ ਭਾਵੈ ਤਿਉ ਰਾਖਹਿ ਰਾਖੁ ॥ ਜਸੁ ਜਾਚਉ ਦੇਵੈ ਪਤਿ ਸਾਖੁ ॥ ਜਾਗਤੁ ਜਾਗਿ ਰਹਾ ਤੁਧੁ ਭਾਵਾ ॥ ਜਾ ਤੂ ਮੇਲਹਿ ਤਾ ਤੁਝੈ ਸਮਾਵਾ ॥ ਜੈ ਜੈ ਕਾਰੁ ਜਪਉ ਜਗਦੀਸ ॥ ਗੁਰਮਤਿ ਮਿਲੀਐ ਬੀਸ ਇਕੀਸ ॥੨੫॥ ਝਖਿ ਬੋਲਣੁ ਕਿਆ ਜਗ ਸਿਉ ਵਾਦੁ ॥ ਝੂਰਿ ਮਰੈ ਦੇਖੈ ਪਰਮਾਦੁ ॥ ਜਨਮਿ ਮੂਏ ਨਹੀ ਜੀਵਣ ਆਸਾ ॥ ਆਇ ਚਲੇ ਭਏ ਆਸ ਨਿਰਾਸਾ ॥ ਝੁਰਿ ਝੁਰਿ ਝਖਿ ਮਾਟੀ ਰਲਿ ਜਾਇ ॥ ਕਾਲੁ ਨ ਚਾਂਪੈ ਹਰਿ ਗੁਣ ਗਾਇ ॥ ਪਾਈ ਨਵ ਨਿਧਿ ਹਰਿ ਕੈ ਨਾਇ ॥ ਆਪੇ ਦੇਵੈ ਸਹਜਿ ਸੁਭਾਇ ॥੨੬॥ ਞਿਆਨੋ ਬੋਲੈ ਆਪੇ ਬੂਝੈ ॥ ਆਪੇ ਸਮਝੈ ਆਪੇ ਸੂਝੈ ॥ ਗੁਰ ਕਾ ਕਹਿਆ ਅੰਕਿ ਸਮਾਵੈ ॥ ਨਿਰਮਲ ਸੂਚੇ ਸਾਚੋ ਭਾਵੈ ॥ ਗੁਰੁ ਸਾਗਰੁ ਰਤਨੀ ਨਹੀ ਤੋਟ ॥ ਲਾਲ ਪਦਾਰਥ ਸਾਚੁ ਅਖੋਟ ॥ ਗੁਰਿ ਕਹਿਆ ਸਾ ਕਾਰ ਕਮਾਵਹੁ ॥ ਗੁਰ ਕੀ ਕਰਣੀ ਕਾਹੇ ਧਾਵਹੁ ॥ ਨਾਨਕ ਗੁਰਮਤਿ ਸਾਚਿ ਸਮਾਵਹੁ ॥੨੭॥ ਟੂਟੈ ਨੇਹੁ ਕਿ ਬੋਲਹਿ ਸਹੀ ॥ ਟੂਟੈ ਬਾਹ ਦੁਹੂ ਦਿਸ ਗਹੀ ॥ ਟੂਟਿ ਪਰੀਤਿ ਗਈ ਬੁਰ ਬੋਲਿ ॥ ਦੁਰਮਤਿ ਪਰਹਰਿ ਛਾਡੀ ਢੋਲਿ ॥ ਟੂਟੈ ਗੰਠਿ ਪੜੈ ਵੀਚਾਰਿ ॥ ਗੁਰ ਸਬਦੀ ਘਰਿ ਕਾਰਜੁ ਸਾਰਿ ॥ ਲਾਹਾ ਸਾਚੁ ਨ ਆਵੈ ਤੋਟਾ ॥ ਤ੍ਰਿਭਵਣ ਠਾਕੁਰੁ ਪ੍ਰੀਤਮੁ ਮੋਟਾ ॥੨੮॥ ਠਾਕਹੁ ਮਨੂਆ ਰਾਖਹੁ ਠਾਇ ॥ ਠਹਕਿ ਮੁਈ ਅਵਗੁਣਿ ਪਛੁਤਾਇ ॥ ਠਾਕੁਰੁ ਏਕੁ ਸਬਾਈ ਨਾਰਿ ॥ ਬਹੁਤੇ ਵੇਸ ਕਰੇ ਕੂੜਿਆਰਿ ॥ ਪਰ ਘਰਿ ਜਾਤੀ ਠਾਕਿ ਰਹਾਈ ॥ ਮਹਲਿ ਬੁਲਾਈ ਠਾਕ ਨ ਪਾਈ ॥ ਸਬਦਿ ਸਵਾਰੀ ਸਾਚਿ ਪਿਆਰੀ ॥ ਸਾਈ ਸੋੁਹਾਗਣਿ ਠਾਕੁਰਿ ਧਾਰੀ ॥੨੯॥ ਡੋਲਤ ਡੋਲਤ ਹੇ ਸਖੀ ਫਾਟੇ ਚੀਰ ਸੀਗਾਰ ॥ ਡਾਹਪਣਿ ਤਨਿ ਸੁਖੁ ਨਹੀ ਬਿਨੁ ਡਰ ਬਿਣਠੀ

ਡਾਰ ॥ ਡਰਪਿ ਮੁਈ ਘਰਿ ਆਪਣੈ ਡੀਠੀ ਕੰਤਿ ਸੁਜਾਣਿ ॥ ਡਰੁ ਰਾਖਿਆ ਗੁਰਿ ਆਪਣੈ ਨਿਰਭਉ ਨਾਮੁ ਵਖਾਣਿ ॥ ਡੂਗਰਿ ਵਾਸੁ ਤਿਖਾ ਘਣੀ ਜਬ ਦੇਖਾ ਨਹੀ ਦੂਰਿ ॥ ਤਿਖਾ ਨਿਵਾਰੀ ਸਬਦੁ ਮੰਨਿ ਅੰਮ੍ਰਿਤੁ ਪੀਆ ਭਰਪੂਰਿ ॥ ਦੇਹਿ ਦੇਹਿ ਆਖੈ ਸਭੁ ਕੋਈ ਜੈ ਭਾਵੈ ਤੈ ਦੇਇ ॥ ਗੁਰੂ ਦੁਆਰੈ ਦੇਵਸੀ ਤਿਖਾ ਨਿਵਾਰੈ ਸੋਇ ॥੩੦॥ ਢੰਢੋਲਤ ਢੂਢਤ ਹਉ ਫਿਰੀ ਢਹਿ ਢਹਿ ਪਵਨਿ ਕਰਾਰਿ ॥ ਭਾਰੇ ਢਹਤੇ ਢਹਿ ਪਏ ਹਉਲੇ ਨਿਕਸੇ ਪਾਰਿ ॥ ਅਮਰ ਅਜਾਚੀ ਹਰਿ ਮਿਲੇ ਤਿਨ ਕੈ ਹਉ ਬਲਿ ਜਾਉ ॥ ਤਿਨ ਕੀ ਧੂੜਿ ਅਘੁਲੀਐ ਸੰਗਤਿ ਮੇਲਿ ਮਿਲਾਉ ॥ ਮਨੁ ਦੀਆ ਗੁਰਿ ਆਪਣੈ ਪਾਇਆ ਨਿਰਮਲ ਨਾਉ ॥ ਜਿਨਿ ਨਾਮੁ ਦੀਆ ਤਿਸੁ ਸੇਵਸਾ ਤਿਸੁ ਬਲਿਹਾਰੈ ਜਾਉ ॥ ਜੋ ਉਸਾਰੇ ਸੋ ਢਾਹਸੀ ਤਿਸੁ ਬਿਨੁ ਅਵਰੁ ਨ ਕੋਇ ॥ ਗੁਰ ਪਰਸਾਦੀ ਤਿਸੁ ਸੰਮ੍ਲਾ ਤਾ ਤਨਿ ਦੂਖੁ ਨ ਹੋਇ ॥੩੧॥ ਣਾ ਕੋ ਮੇਰਾ ਕਿਸੁ ਗਹੀ ਣਾ ਕੋ ਹੋਆ ਨ ਹੋਗੁ ॥ ਆਵਣਿ ਜਾਣਿ ਵਿਗੁਚੀਐ ਦੁਬਿਧਾ ਵਿਆਪੈ ਰੋਗੁ ॥ ਣਾਮ ਵਿਹੂਣੇ ਆਦਮੀ ਕਲਰ ਕੰਧ ਗਿਰੰਤਿ ॥ ਵਿਣੁ ਨਾਵੈ ਕਿਉ ਛੂਟੀਐ ਜਾਇ ਰਸਾਤਲਿ ਅੰਤਿ ॥ ਗਣਤ ਗਣਾਵੈ ਅਖਰੀ ਅਗਣਤੁ ਸਾਚਾ ਸੋਇ ॥ ਅਗਿਆਨੀ ਮਤਿਹੀਣੁ ਹੈ ਗੁਰ ਬਿਨੁ ਗਿਆਨੁ ਨ ਹੋਇ ॥ ਤੂਟੀ ਤੰਤੁ ਰਬਾਬ ਕੀ ਵਾਜੈ ਨਹੀ ਵਿਜੋਗਿ ॥ ਵਿਛੁੜਿਆ ਮੇਲੈ ਪ੍ਰਭੁ ਨਾਨਕ ਕਰਿ ਸੰਜੋਗ ॥੩੨॥ ਤਰਵਰੁ ਕਾਇਆ ਪੰਖਿ ਮਨੁ ਤਰਵਰਿ ਪੰਖੀ ਪੰਚ ॥ ਤਤੁ ਚੁਗਹਿ ਮਿਲਿ ਏਕਸੇ ਤਿਨ ਕਉ ਫਾਸ ਨ ਰੰਚ ॥ ਉਡਹਿ ਤ ਬੇਗੁਲ ਬੇਗੁਲੇ ਤਾਕਹਿ ਚੋਗ ਘਣੀ ॥ ਪੰਖ ਤੁਟੇ ਫਾਹੀ ਪੜੀ ਅਵਗੁਣਿ ਭੀੜ ਬਣੀ ॥ ਬਿਨੁ ਸਾਚੇ ਕਿਉ ਛੂਟੀਐ ਹਰਿ ਗੁਣ ਕਰਮਿ ਮਣੀ ॥ ਆਪਿ ਛਡਾਏ ਛੂਟੀਐ ਵਡਾ ਆਪਿ ਧਣੀ ॥ ਗੁਰ ਪਰਸਾਦੀ ਛੂਟੀਐ ਕਿਰਪਾ ਆਪਿ ਕਰੇਇ ॥ ਅਪਣੈ ਹਾਥਿ ਵਡਾਈਆ ਜੈ ਭਾਵੈ ਤੈ ਦੇਇ ॥੩੩॥ ਥਰ ਥਰ ਕੰਪੈ ਜੀਅੜਾ ਥਾਨ ਵਿਹੂਣਾ ਹੋਇ ॥ ਥਾਨਿ ਮਾਨਿ ਸਚੁ ਏਕੁ ਹੈ ਕਾਜੁ ਨ ਫੀਟੈ ਕੋਇ ॥ ਥਿਰੁ ਨਾਰਾਇਣੁ ਥਿਰੁ ਗੁਰੂ ਥਿਰੁ ਸਾਚਾ ਬੀਚਾਰੁ ॥ ਸੁਰਿ ਨਰ ਨਾਥਹ ਨਾਥੁ ਤੂ ਨਿਧਾਰਾ ਆਧਾਰੁ ॥ ਸਰਬੇ ਥਾਨ ਥਨੰਤਰੀ ਤੂ ਦਾਤਾ ਦਾਤਾਰੁ ॥ ਜਹ ਦੇਖਾ ਤਹ ਏਕੁ ਤੂ ਅੰਤੁ ਨ ਪਾਰਾਵਾਰੁ ॥ ਥਾਨ ਥਨੰਤਰਿ ਰਵਿ ਰਹਿਆ ਗੁਰ ਸਬਦੀ ਵੀਚਾਰਿ ॥ ਅਣਮੰਗਿਆ ਦਾਨੁ ਦੇਵਸੀ ਵਡਾ ਅਗਮ ਅਪਾਰੁ ॥੩੪॥ ਦਇਆ ਦਾਨੁ ਦਇਆਲੁ ਤੂ

ਕਰਿ ਕਰਿ ਦੇਖਣਹਾਰੁ ॥ ਦਇਆ ਕਰਹਿ ਪ੍ਰਭ ਮੇਲਿ ਲੈਹਿ ਖਿਨ ਮਹਿ ਢਾਹਿ ਉਸਾਰਿ ॥ ਦਾਨਾ ਤੂ ਬੀਨਾ ਤੁਹੀ ਦਾਨਾ ਕੈ ਸਿਰਿ ਦਾਨੁ ॥ ਦਾਲਦ ਭੰਜਨ ਦੁਖ ਦਲਣ ਗੁਰਮੁਖਿ ਗਿਆਨੁ ਧਿਆਨੁ ॥੩੫॥ ਧਨਿ ਗਇਐ ਬਹਿ ਝੂਰੀਐ ਧਨ ਮਹਿ ਚੀਤੁ ਗਵਾਰ ॥ ਧਨੁ ਵਿਰਲੀ ਸਚੁ ਸੰਚਿਆ ਨਿਰਮਲੁ ਨਾਮੁ ਪਿਆਰਿ ॥ ਧਨੁ ਗਇਆ ਤਾ ਜਾਣ ਦੇਹਿ ਜੇ ਰਾਚਹਿ ਰੰਗਿ ਏਕ ॥ ਮਨੁ ਦੀਜੈ ਸਿਰੁ ਸਉਪੀਐ ਭੀ ਕਰਤੇ ਕੀ ਟੇਕ ॥ ਧੰਧਾ ਧਾਵਤ ਰਹਿ ਗਏ ਮਨ ਮਹਿ ਸਬਦੁ ਅਨੰਦੁ ॥ ਦੁਰਜਨ ਤੇ ਸਾਜਨ ਭਏ ਭੇਟੇ ਗੁਰ ਗੋਵਿੰਦ ॥ ਬਨੁ ਬਨੁ ਫਿਰਤੀ ਢੂਢਤੀ ਬਸਤੁ ਰਹੀ ਘਰਿ ਬਾਰਿ ॥ ਸਤਿਗੁਰਿ ਮੇਲੀ ਮਿਲਿ ਰਹੀ ਜਨਮ ਮਰਣ ਦੁਖੁ ਨਿਵਾਰਿ ॥੩੬॥ ਨਾਨਾ ਕਰਤ ਨ ਛੂਟੀਐ ਵਿਣੁ ਗੁਣ ਜਮ ਪੁਰਿ ਜਾਹਿ ॥ ਨਾ ਤਿਸੁ ਏਹੁ ਨ ਓਹੁ ਹੈ ਅਵਗੁਣਿ ਫਿਰਿ ਪਛੁਤਾਹਿ ॥ ਨਾ ਤਿਸੁ ਗਿਆਨੁ ਨ ਧਿਆਨੁ ਹੈ ਨਾ ਤਿਸੁ ਧਰਮੁ ਧਿਆਨੁ ॥ ਵਿਣੁ ਨਾਵੈ ਨਿਰਭਉ ਕਹਾ ਕਿਆ ਜਾਣਾ ਅਭਿਮਾਨੁ ॥ ਥਾਕਿ ਰਹੀ ਕਿਵ ਅਪੜਾ ਹਾਥ ਨਹੀ ਨਾ ਪਾਰੁ ॥ ਨਾ ਸਾਜਨ ਸੇ ਰੰਗੁਲੇ ਕਿਸੁ ਪਹਿ ਕਰੀ ਪੁਕਾਰ ॥ ਨਾਨਕ ਪ੍ਰਿਉ ਪ੍ਰਿਉ ਜੇ ਕਰੀ ਮੇਲੇ ਮੇਲਣਹਾਰੁ ॥ ਜਿਨਿ ਵਿਛੋੜੀ ਸੋ ਮੇਲਸੀ ਗੁਰ ਕੈ ਹੇਤਿ ਅਪਾਰਿ ॥੩੭॥ ਪਾਪੁ ਬੁਰਾ ਪਾਪੀ ਕਉ ਪਿਆਰਾ ॥ ਪਾਪਿ ਲਦੇ ਪਾਪੇ ਪਾਸਾਰਾ ॥ ਪਰਹਰਿ ਪਾਪੁ ਪਛਾਣੈ ਆਪੁ ॥ ਨਾ ਤਿਸੁ ਸੋਗੁ ਵਿਜੋਗੁ ਸੰਤਾਪੁ ॥ ਨਰਕਿ ਪੜੰਤਉ ਕਿਉ ਰਹੈ ਕਿਉ ਬੰਚੈ ਜਮਕਾਲੁ ॥ ਕਿਉ ਆਵਣ ਜਾਣਾ ਵੀਸਰੈ ਝੂਠੁ ਬੁਰਾ ਖੈ ਕਾਲੁ ॥ ਮਨੁ ਜੰਜਾਲੀ ਵੇੜਿਆ ਭੀ ਜੰਜਾਲਾ ਮਾਹਿ ॥ ਵਿਣੁ ਨਾਵੈ ਕਿਉ ਛੂਟੀਐ ਪਾਪੇ ਪਚਹਿ ਪਚਾਹਿ ॥੩੮॥ ਫਿਰਿ ਫਿਰਿ ਫਾਹੀ ਫਾਸੈ ਕਊਆ ॥ ਫਿਰਿ ਪਛੁਤਾਨਾ ਅਬ ਕਿਆ ਹੂਆ ॥ ਫਾਥਾ ਚੋਗ ਚੁਗੈ ਨਹੀ ਬੂਝੈ ॥ ਸਤਗੁਰੁ ਮਿਲੈ ਤ ਆਖੀ ਸੂਝੈ ॥ ਜਿਉ ਮਛੁਲੀ ਫਾਥੀ ਜਮ ਜਾਲਿ ॥ ਵਿਣੁ ਗੁਰ ਦਾਤੇ ਮੁਕਤਿ ਨ ਭਾਲਿ ॥ ਫਿਰਿ ਫਿਰਿ ਆਵੈ ਫਿਰਿ ਫਿਰਿ ਜਾਇ ॥ ਇਕ ਰੰਗਿ ਰਚੈ ਰਹੈ ਲਿਵ ਲਾਇ ॥ ਇਵ ਛੂਟੈ ਫਿਰਿ ਫਾਸ ਨ ਪਾਇ ॥੩੯॥ ਬੀਰਾ ਬੀਰਾ ਕਰਿ ਰਹੀ ਬੀਰ ਭਏ ਬੈਰਾਇ ॥ ਬੀਰ ਚਲੇ ਘਰਿ ਆਪਣੈ ਬਹਿਣ ਬਿਰਹਿ ਜਲਿ ਜਾਇ ॥ ਬਾਬੁਲ ਕੈ ਘਰਿ ਬੇਟੜੀ ਬਾਲੀ ਬਾਲੈ ਨੇਹਿ ॥ ਜੇ ਲੋੜਹਿ ਵਰੁ ਕਾਮਣੀ ਸਤਿਗੁਰੁ ਸੇਵਹਿ ਤੇਹਿ ॥ ਬਿਰਲੋ ਗਿਆਨੀ ਬੂਝਣਉ ਸਤਿਗੁਰੁ ਸਾਚਿ ਮਿਲੇਇ ॥ ਠਾਕੁਰ ਹਾਥਿ

ਵਡਾਈਆ ਜੈ ਭਾਵੈ ਤੈ ਦੇਇ ॥ ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ ॥ ਇਹ ਬਾਣੀ ਮਹਾ ਪੁਰਖ ਕੀ ਨਿਜ ਘਰਿ ਵਾਸਾ ਹੋਇ ॥੪●॥ ਭਨਿ ਭਨਿ ਘੜੀਐ ਘੜਿ ਘੜਿ ਭਜੈ ਢਾਹਿ ਉਸਾਰੈ ਉਸਰੇ ਢਾਹੈ ॥ ਸਰ ਭਰਿ ਸੋਖੈ ਭੀ ਭਰਿ ਪੋਖੈ ਸਮਰਥ ਵੇਪਰਵਾਹੈ ॥ ਭਰਮਿ ਭੁਲਾਨੇ ਭਏ ਦਿਵਾਨੇ ਵਿਣੁ ਭਾਗਾ ਕਿਆ ਪਾਈਐ ॥ ਗੁਰਮੁਖਿ ਗਿਆਨੁ ਡੋਰੀ ਪ੍ਰਭਿ ਪਕੜੀ ਜਿਨ ਖਿੰਚੈ ਤਿਨ ਜਾਈਐ ॥ ਹਰਿ ਗੁਣ ਗਾਇ ਸਦਾ ਰੰਗਿ ਰਾਤੇ ਬਹੁੜਿ ਨ ਪਛੋਤਾਈਐ ॥ ਭਭੈ ਭਾਲਹਿ ਗੁਰਮੁਖਿ ਬੂਝਹਿ ਤਾ ਨਿਜ ਘਰਿ ਵਾਸਾ ਪਾਈਐ ॥ ਭਭੈ ਭਉਜਲੁ ਮਾਰਗੁ ਵਿਖੜਾ ਆਸ ਨਿਰਾਸਾ ਤਰੀਐ ॥ ਗੁਰ ਪਰਸਾਦੀ ਆਪੋ ਚੀਨ੍ਹੈ ਜੀਵਤਿਆ ਇਵ ਮਰੀਐ ॥੪੧॥ ਮਾਇਆ ਮਾਇਆ ਕਰਿ ਮੁਏ ਮਾਇਆ ਕਿਸੈ ਨ ਸਾਥਿ ॥ ਹੰਸੁ ਚਲੈ ਉਠਿ ਡੁਮਣੋ ਮਾਇਆ ਭੂਲੀ ਆਥਿ ॥ ਮਨੁ ਝੂਠਾ ਜਮਿ ਜੋਹਿਆ ਅਵਗੁਣ ਚਲਹਿ ਨਾਲਿ ॥ ਮਨ ਮਹਿ ਮਨੁ ਉਲਟੋ ਮਰੈ ਜੇ ਗੁਣ ਹੋਵਹਿ ਨਾਲਿ ॥ ਮੇਰੀ ਮੇਰੀ ਕਰਿ ਮੁਏ ਵਿਣੁ ਨਾਵੈ ਦੁਖੁ ਭਾਲਿ ॥ ਗੜ ਮੰਦਰ ਮਹਲਾ ਕਹਾ ਜਿਉ ਬਾਜੀ ਦੀਬਾਣੁ ॥ ਨਾਨਕ ਸਚੇ ਨਾਮ ਵਿਣੁ ਝੂਠਾ ਆਵਣ ਜਾਣੁ ॥ ਆਪੇ ਚਤੁਰੁ ਸਰੂਪੁ ਹੈ ਆਪੇ ਜਾਣੁ ਸੁਜਾਣੁ ॥੪੨॥ ਜੋ ਆਵਹਿ ਸੇ ਜਾਹਿ ਫੁਨਿ ਆਇ ਗਏ ਪਛੁਤਾਹਿ ॥ ਲਖ ਚਉਰਾਸੀਹ ਮੇਦਨੀ ਘਟੈ ਨ ਵਧੈ ਉਤਾਹਿ ॥ ਸੇ ਜਨ ਉਬਰੇ ਜਿਨ ਹਰਿ ਭਾਇਆ ॥ ਧੰਧਾ ਮੁਆ ਵਿਗੂਤੀ ਮਾਇਆ ॥ ਜੋ ਦੀਸੈ ਸੋ ਚਾਲਸੀ ਕਿਸ ਕਉ ਮੀਤੁ ਕਰੇਉ ॥ ਜੀਉ ਸਮਪਉ ਆਪਣਾ ਤਨੁ ਮਨੁ ਆਗੈ ਦੇਉ ॥ ਅਸਥਿਰੁ ਕਰਤਾ ਤੂ ਧਣੀ ਤਿਸ ਹੀ ਕੀ ਮੈ ਓਟ ॥ ਗੁਣ ਕੀ ਮਾਰੀ ਹਉ ਮੁਈ ਸਬਦਿ ਰਤੀ ਮਨਿ ਚੋਟ ॥੪੩॥ ਰਾਣਾ ਰਾਉ ਨ ਕੋ ਰਹੈ ਰੰਗੁ ਨ ਤੁੰਗੁ ਫਕੀਰੁ ॥ ਵਾਰੀ ਆਪੋ ਆਪਣੀ ਕੋਇ ਨ ਬੰਧੈ ਧੀਰ ॥ ਰਾਹੁ ਬੁਰਾ ਭੀਹਾਵਲਾ ਸਰ ਡੂਗਰ ਅਸਗਾਹ ॥ ਮੈ ਤਨਿ ਅਵਗਣ ਝੁਰਿ ਮੁਈ ਵਿਣੁ ਗੁਣ ਕਿਉ ਘਰਿ ਜਾਹ ॥ ਗੁਣੀਆ ਗੁਣ ਲੇ ਪ੍ਰਭ ਮਿਲੇ ਕਿਉ ਤਿਨ ਮਿਲਉ ਪਿਆਰਿ ॥ ਤਿਨ ਹੀ ਜੈਸੀ ਥੀ ਰਹਾਂ ਜਪਿ ਜਪਿ ਰਿਦੈ ਮੁਰਾਰਿ ॥ ਅਵਗੁਣੀ ਭਰਪੂਰ ਹੈ ਗੁਣ ਭੀ ਵਸਹਿ ਨਾਲਿ ॥ ਵਿਣੁ ਸਤਗੁਰ ਗੁਣ ਨ ਜਾਪਨੀ ਜਿਚਰੁ ਸਬਦਿ ਨ ਕਰੇ ਬੀਚਾਰੁ ॥੪੪॥ ਲਸਕਰੀਆ ਘਰ ਸੰਮਲੇ ਆਏ ਵਜਹੁ ਲਿਖਾਇ ॥ ਕਾਰ ਕਮਾਵਹਿ ਸਿਰਿ ਧਣੀ ਲਾਹਾ ਪਲੈ ਪਾਇ ॥ ਲਬੁ ਲੋਭੁ ਬੁਰਿਆਈਆ

ਛੋਡੇ ਮਨਹੁ ਵਿਸਾਰਿ ॥ ਗੜਿ ਦੋਹੀ ਪਾਤਿਸਾਹ ਕੀ ਕਦੇ ਨ ਆਵੈ ਹਾਰਿ ॥ ਚਾਕਰੁ ਕਹੀਐ ਖਸਮ ਕਾ ਸਉਹੇ ਉਤਰ ਦੇਇ ॥ ਵਜਹੁ ਗਵਾਏ ਆਪਣਾ ਤਖਤਿ ਨ ਬੈਸਹਿ ਸੇਇ ॥ ਪ੍ਰੀਤਮ ਹਥਿ ਵਡਿਆਈਆ ਜੈ ਭਾਵੈ ਤੈ ਦੇਇ ॥ ਆਪਿ ਕਰੇ ਕਿਸੁ ਆਖੀਐ ਅਵਰੁ ਨ ਕੋਇ ਕਰੇਇ ॥੪੫॥ ਬੀਜਉ ਸੂਝੈ ਕੋ ਨਹੀ ਬਹੈ ਦੁਲੀਚਾ ਪਾਇ ॥ ਨਰਕ ਨਿਵਾਰਣੁ ਨਰਹ ਨਰੁ ਸਾਚਉ ਸਾਚੈ ਨਾਇ ॥ ਵਣੁ ਤ੍ਰਿਣੁ ਢੂਢਤ ਫਿਰਿ ਰਹੀ ਮਨ ਮਹਿ ਕਰਉ ਬੀਚਾਰੁ ॥ ਲਾਲ ਰਤਨ ਬਹੁ ਮਾਣਕੀ ਸਤਿਗੁਰ ਹਾਥਿ ਭੰਡਾਰੁ ॥ ਊਤਮੁ ਹੋਵਾ ਪ੍ਰਭੁ ਮਿਲੈ ਇਕ ਮਨਿ ਏਕੈ ਭਾਇ ॥ ਨਾਨਕ ਪ੍ਰੀਤਮ ਰਸਿ ਮਿਲੇ ਲਾਹਾ ਲੈ ਪਰਥਾਇ ॥ ਰਚਨਾ ਰਾਚਿ ਜਿਨਿ ਰਚੀ ਜਿਨਿ ਸਿਰਿਆ ਆਕਾਰੁ ॥ ਗੁਰਮੁਖਿ ਬੇਅੰਤੁ ਧਿਆਈਐ ਅੰਤੁ ਨ ਪਾਰਾਵਾਰੁ ॥੪੬॥ ੜਾੜੈ ਰੂੜਾ ਹਰਿ ਜੀਉ ਸੋਈ ॥ ਤਿਸੁ ਬਿਨੁ ਰਾਜਾ ਅਵਰੁ ਨ ਕੋਈ ॥ ੜਾੜੈ ਗਾਰੁੜੁ ਤੁਮ ਸੁਣਹੁ ਹਰਿ ਵਸੈ ਮਨ ਮਾਹਿ ॥ ਗੁਰ ਪਰਸਾਦੀ ਹਰਿ ਪਾਈਐ ਮਤੁ ਕੋ ਭਰਮਿ ਭੁਲਾਹਿ ॥ ਸੋ ਸਾਹੁ ਸਾਚਾ ਜਿਸੁ ਹਰਿ ਧਨੁ ਰਾਸਿ ॥ ਗੁਰਮੁਖਿ ਪੂਰਾ ਤਿਸੁ ਸਾਬਾਸਿ ॥ ਰੂੜੀ ਬਾਣੀ ਹਰਿ ਪਾਇਆ ਗੁਰ ਸਬਦੀ ਬੀਚਾਰਿ ॥ ਆਪੁ ਗਇਆ ਦੁਖੁ ਕਟਿਆ ਹਰਿ ਵਰੁ ਪਾਇਆ ਨਾਰਿ ॥੪੭॥ ਸੁਇਨਾ ਰੁਪਾ ਸੰਚੀਐ ਧਨੁ ਕਾਚਾ ਬਿਖੁ ਛਾਰੁ ॥ ਸਾਹੁ ਸਦਾਏ ਸੰਚਿ ਧਨੁ ਦੁਬਿਧਾ ਹੋਇ ਖੁਆਰੁ ॥ ਸਚਿਆਰੀ ਸਚੁ ਸੰਚਿਆ ਸਾਚਉ ਨਾਮੁ ਅਮੋਲੁ ॥ ਹਰਿ ਨਿਰਮਾਇਲੁ ਊਜਲੋ ਪਤਿ ਸਾਚੀ ਸਚੁ ਬੋਲੁ ॥ ਸਾਜਨੁ ਮੀਤੁ ਸੁਜਾਣੁ ਤੂ ਤੂ ਸਰਵਰੁ ਤੂ ਹੰਸੁ ॥ ਸਾਚਉ ਠਾਕੁਰੁ ਮਨਿ ਵਸੈ ਹਉ ਬਲਿਹਾਰੀ ਤਿਸੁ ॥ ਮਾਇਆ ਮਮਤਾ ਮੋਹਣੀ ਜਿਨਿ ਕੀਤੀ ਸੋ ਜਾਣੁ ॥ ਬਿਖਿਆ ਅੰਮ੍ਰਿਤੁ ਏਕੁ ਹੈ ਬੂਝੈ ਪੁਰਖੁ ਸੁਜਾਣੁ ॥੪੮॥ ਖਿਮਾ ਵਿਹੂਣੇ ਖਪਿ ਗਏ ਖੂਹਣਿ ਲਖ ਅਸੰਖ ॥ ਗਣਤ ਨ ਆਵੈ ਕਿਉ ਗਣੀ ਖਪਿ ਖਪਿ ਮੁਏ ਬਿਸੰਖ ॥ ਖਸਮੁ ਪਛਾਣੈ ਆਪਣਾ ਖੂਲੈ ਬੰਧੁ ਨ ਪਾਇ ॥ ਸਬਦਿ ਮਹਲੀ ਖਰਾ ਤੂ ਖਿਮਾ ਸਚੁ ਸੁਖ ਭਾਇ ॥ ਖਰਚੁ ਖਰਾ ਧਨੁ ਧਿਆਨੁ ਤੂ ਆਪੇ ਵਸਹਿ ਸਰੀਰਿ ॥ ਮਨਿ ਤਨਿ ਮੁਖਿ ਜਾਪੈ ਸਦਾ ਗੁਣ ਅੰਤਰਿ ਮਨਿ ਧੀਰ ॥ ਹਉਮੈ ਖਪੈ ਖਪਾਇਸੀ ਬੀਜਉ ਵਥੁ ਵਿਕਾਰੁ ॥ ਜੰਤ ਉਪਾਇ ਵਿਚਿ ਪਾਇਅਨੁ ਕਰਤਾ ਅਲਗੁ ਅਪਾਰੁ ॥੪੯॥ ਸ੍ਰਿਸਟੇ ਭੇਉ ਨ ਜਾਣੈ ਕੋਇ ॥ ਸ੍ਰਿਸਟਾ ਕਰੈ ਸੁ ਨਿਹਚਉ ਹੋਇ ॥ ਸੰਪੈ ਕਉ ਈਸਰੁ ਧਿਆਈਐ ॥

ਸੰਪੈ ਪੁਰਬਿ ਲਿਖੇ ਕੀ ਪਾਈਐ ॥ ਸੰਪੈ ਕਾਰਣਿ ਚਾਕਰ ਚੋਰ ॥ ਸੰਪੈ ਸਾਥਿ ਨ ਚਾਲੈ ਹੋਰ ॥ ਬਿਨੁ ਸਾਚੇ ਨਹੀ ਦਰਗਹ ਮਾਨੁ ॥ ਹਰਿ ਰਸੁ ਪੀਵੈ ਛੁਟੈ ਨਿਦਾਨਿ ॥੫੦॥ ਹੇਰਤ ਹੇਰਤ ਹੇ ਸਖੀ ਹੋਇ ਰਹੀ ਹੈਰਾਨੁ ॥ ਹਉ ਹਉ ਕਰਤੀ ਮੈ ਮੁਈ ਸਬਦਿ ਰਵੈ ਮਨਿ ਗਿਆਨੁ ॥ ਹਾਰ ਡੋਰ ਕੰਕਨ ਘਣੇ ਕਰਿ ਥਾਕੀ ਸੀਗਾਰੁ ॥ ਮਿਲਿ ਪ੍ਰੀਤਮ ਸੁਖੁ ਪਾਇਆ ਸਗਲ ਗੁਣਾ ਗਲਿ ਹਾਰੁ ॥ ਨਾਨਕ ਗੁਰਮੁਖਿ ਪਾਈਐ ਹਰਿ ਸਿਉ ਪ੍ਰੀਤਿ ਪਿਆਰੁ ॥ ਹਰਿ ਬਿਨੁ ਕਿਨਿ ਸੁਖੁ ਪਾਇਆ ਦੇਖਹੁ ਮਨਿ ਬੀਚਾਰਿ ॥ ਹਰਿ ਪੜਣਾ ਹਰਿ ਬੁਝਣਾ ਹਰਿ ਸਿਉ ਰਖਹੁ ਪਿਆਰੁ ॥ ਹਰਿ ਜਪੀਐ ਹਰਿ ਧਿਆਈਐ ਹਰਿ ਕਾ ਨਾਮੁ ਅਧਾਰੁ ॥੫੧॥ ਲੇਖੁ ਨ ਮਿਟਈ ਹੇ ਸਖੀ ਜੋ ਲਿਖਿਆ ਕਰਤਾਰਿ ॥ ਆਪੇ ਕਾਰਣੁ ਜਿਨਿ ਕੀਆ ਕਰਿ ਕਿਰਪਾ ਪਗੁ ਧਾਰਿ ॥ ਕਰਤੇ ਹਥਿ ਵਡਿਆਈਆ ਬੂਝਹੁ ਗੁਰ ਬੀਚਾਰਿ ॥ ਲਿਖਿਆ ਫੇਰਿ ਨ ਸਕੀਐ ਜਿਉ ਭਾਵੀ ਤਿਉ ਸਾਰਿ ॥ ਨਦਰਿ ਤੇਰੀ ਸੁਖੁ ਪਾਇਆ ਨਾਨਕ ਸਬਦੁ ਵੀਚਾਰਿ ॥ ਮਨਮੁਖ ਭੂਲੇ ਪਚਿ ਮੁਏ ਉਬਰੇ ਗੁਰ ਬੀਚਾਰਿ ॥ ਜਿ ਪੁਰਖੁ ਨਦਰਿ ਨ ਆਵਈ ਤਿਸ ਕਾ ਕਿਆ ਕਰਿ ਕਹਿਆ ਜਾਇ ॥ ਬਲਿਹਾਰੀ ਗੁਰ ਆਪਣੇ ਜਿਨਿ ਹਿਰਦੈ ਦਿਤਾ ਦਿਖਾਇ ॥੫੨॥ ਪਾਧਾ ਪੜਿਆ ਆਖੀਐ ਬਿਦਿਆ ਬਿਚਰੈ ਸਹਜਿ ਸੁਭਾਇ ॥ ਬਿਦਿਆ ਸੋਧੈ ਤਤੁ ਲਹੈ ਰਾਮ ਨਾਮ ਲਿਵ ਲਾਇ ॥ ਮਨਮੁਖੁ ਬਿਦਿਆ ਬਿਕ੍ਰਦਾ ਬਿਖੁ ਖਟੇ ਬਿਖੁ ਖਾਇ ॥ ਮੂਰਖੁ ਸਬਦੁ ਨ ਚੀਨਈ ਸੂਝ ਬੂਝ ਨਹ ਕਾਇ ॥੫੩॥ ਪਾਧਾ ਗੁਰਮੁਖਿ ਆਖੀਐ ਚਾਟੜਿਆ ਮਤਿ ਦੇਇ ॥ ਨਾਮੁ ਸਮਾਲਹੁ ਨਾਮੁ ਸੰਗਰਹੁ ਲਾਹਾ ਜਗ ਮਹਿ ਲੇਇ ॥ ਸਚੀ ਪਟੀ ਸਚੁ ਮਨਿ ਪੜੀਐ ਸਬਦੁ ਸੁ ਸਾਰੁ ॥ ਨਾਨਕ ਸੋ ਪੜਿਆ ਸੋ ਪੰਡਿਤੁ ਬੀਨਾ ਜਿਸੁ ਰਾਮ ਨਾਮੁ ਗਲਿ ਹਾਰੁ ॥੫੪॥੧॥

ਰਾਮਕਲੀ ਮਹਲਾ ੧ ਸਿਧ ਗੋਸਟਿ

ਅੰਗ 939 ਤੋਂ ਰਾਮਕਲੀ ਮਹਲਾ ੧ ਸਿਧ ਗੋਸਟਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 946 ਤੱਕ ਹੈ।

ਰਾਮਕਲੀ ਮਹਲਾ ੧ ਸਿਧ ਗੋਸਟਿ ੴ ਸਤਿਗੁਰ ਪ੍ਰਸਾਦਿ ॥

ਸਿਧ ਸਭਾ ਕਰਿ ਆਸਣਿ ਬੈਠੇ ਸੰਤ ਸਭਾ ਜੈਕਾਰੋ ॥ ਤਿਸੁ ਆਗੈ ਰਹਰਾਸਿ ਹਮਾਰੀ ਸਾਚਾ ਅਪਰ ਅਪਾਰੋ ॥ ਮਸਤਕੁ ਕਾਟਿ ਧਰੀ ਤਿਸੁ ਆਗੈ ਤਨੁ ਮਨੁ ਆਗੈ ਦੇਉ ॥ ਨਾਨਕ ਸੰਤੁ ਮਿਲੈ ਸਚੁ ਪਾਈਐ ਸਹਜ ਭਾਇ ਜਸੁ ਲੇਉ ॥੧॥ ਕਿਆ ਭਵੀਐ ਸਚਿ ਸੂਚਾ ਹੋਇ ॥ ਸਾਚ ਸਬਦ ਬਿਨੁ ਮੁਕਤਿ ਨ ਕੋਇ ॥੧॥ ਰਹਾਉ ॥ ਕਵਨ ਤੁਮੇ ਕਿਆ ਨਾਉ ਤੁਮਾਰਾ ਕਉਨੁ ਮਾਰਗੁ ਕਉਨੁ ਸੁਆਓ ॥ ਸਾਚੁ ਕਹਉ ਅਰਦਾਸਿ ਹਮਾਰੀ ਹਉ ਸੰਤ ਜਨਾ ਬਲਿ ਜਾਓ ॥ ਕਹ ਬੈਸਹੁ ਕਹ ਰਹੀਐ ਬਾਲੇ ਕਹ ਆਵਹੁ ਕਹ ਜਾਹੋ ॥ ਨਾਨਕੁ ਬੋਲੈ ਸੁਣਿ ਬੈਰਾਗੀ ਕਿਆ ਤੁਮਾਰਾ ਰਾਹੋ ॥੨॥ ਘਟਿ ਘਟਿ ਬੈਸਿ ਨਿਰੰਤਰਿ ਰਹੀਐ ਚਾਲਹਿ ਸਤਿਗੁਰ ਭਾਏ ॥ ਸਹਜੇ ਆਏ ਹੁਕਮਿ ਸਿਧਾਏ ਨਾਨਕ ਸਦਾ ਰਜਾਏ ॥ ਆਸਣਿ ਬੈਸਣਿ ਥਿਰੁ ਨਾਰਾਇਣੁ ਐਸੀ ਗੁਰਮਤਿ ਪਾਏ ॥ ਗੁਰਮੁਖਿ ਬੂਝੈ ਆਪੁ ਪਛਾਣੈ ਸਚੇ ਸਚਿ ਸਮਾਏ ॥੩॥ ਦੁਨੀਆ ਸਾਗਰੁ ਦੁਤਰੁ ਕਹੀਐ ਕਿਉ ਕਰਿ ਪਾਈਐ ਪਾਰੋ ॥ ਚਰਪਟੁ ਬੋਲੈ ਅਉਧੂ ਨਾਨਕ ਦੇਹੁ ਸਚਾ ਬੀਚਾਰੋ ॥ ਆਪੇ ਆਖੈ ਆਪੇ ਸਮਝੈ ਤਿਸੁ ਕਿਆ ਉਤਰੁ ਦੀਜੈ ॥ ਸਾਚੁ ਕਹਹੁ ਤੁਮ ਪਾਰਗਰਾਮੀ ਤੁਝੁ ਕਿਆ ਬੈਸਣੁ ਦੀਜੈ ॥੪॥ ਜੈਸੇ ਜਲ ਮਹਿ ਕਮਲੁ ਨਿਰਾਲਮੁ ਮੁਰਗਾਈ ਨੈ ਸਾਣੇ ॥ ਸੁਰਤਿ ਸਬਦਿ ਭਵ ਸਾਗਰੁ ਤਰੀਐ ਨਾਨਕ ਨਾਮੁ ਵਖਾਣੇ ॥ ਰਹਹਿ ਇਕਾਂਤਿ ਏਕੋ ਮਨਿ ਵਸਿਆ ਆਸਾ ਮਾਹਿ ਨਿਰਾਸੋ ॥ ਅਗਮੁ ਅਗੋਚਰੁ ਦੇਖਿ ਦਿਖਾਏ ਨਾਨਕੁ ਤਾ ਕਾ ਦਾਸੋ ॥੫॥ ਸੁਣਿ ਸੁਆਮੀ ਅਰਦਾਸਿ ਹਮਾਰੀ ਪੂਛਉ ਸਾਚੁ ਬੀਚਾਰੋ ॥ ਰੋਸੁ ਨ ਕੀਜੈ ਉਤਰੁ ਦੀਜੈ ਕਿਉ ਪਾਈਐ ਗੁਰ ਦੁਆਰੋ ॥ ਇਹੁ ਮਨੁ ਚਲਤਉ ਸਚ ਘਰਿ ਬੈਸੈ ਨਾਨਕ ਨਾਮੁ ਅਧਾਰੋ ॥ ਆਪੇ ਮੇਲਿ ਮਿਲਾਏ ਕਰਤਾ ਲਾਗੈ ਸਾਚਿ ਪਿਆਰੋ ॥੬॥ ਹਾਟੀ ਬਾਟੀ ਰਹਹਿ ਨਿਰਾਲੇ ਰੂਖਿ ਬਿਰਖਿ ਉਦਿਆਨੇ ॥ ਕੰਦ ਮੂਲੁ ਅਹਾਰੋ ਖਾਈਐ ਅਉਧੂ ਬੋਲੈ ਗਿਆਨੇ ॥ ਤੀਰਥਿ ਨਾਈਐ ਸੁਖੁ ਫਲੁ ਪਾਈਐ ਮੈਲੁ ਨ ਲਾਗੈ ਕਾਈ ॥

ਗੋਰਖ ਪੂਤੁ ਲੋਹਾਰੀਪਾ ਬੋਲੈ ਜੋਗ ਜੁਗਤਿ ਬਿਧਿ ਸਾਈ ॥੭॥ ਹਾਟੀ ਬਾਟੀ ਨੀਦ ਨ ਆਵੈ ਪਰ ਘਰਿ ਚਿਤੁ ਨ ਡੋੁਲਾਈ ॥ ਬਿਨੁ ਨਾਵੈ ਮਨੁ ਟੇਕ ਨ ਟਿਕਈ ਨਾਨਕ ਭੂਖ ਨ ਜਾਈ ॥ ਹਾਟੁ ਪਟਣੁ ਘਰੁ ਗੁਰੂ ਦਿਖਾਇਆ ਸਹਜੇ ਸਚੁ ਵਾਪਾਰੋ ॥ ਖੰਡਿਤ ਨਿਦ੍ਰਾ ਅਲਪ ਅਹਾਰੰ ਨਾਨਕ ਤਤੁ ਬੀਚਾਰੋ ॥੮॥ ਦਰਸਨੁ ਭੇਖ ਕਰਹੁ ਜੋਗਿੰਦ੍ਰਾ ਮੁੰਦ੍ਰਾ ਝੋਲੀ ਖਿੰਥਾ ॥ ਬਾਰਹ ਅੰਤਰਿ ਏਕੁ ਸਰੇਵਹੁ ਖਟੁ ਦਰਸਨ ਇਕ ਪੰਥਾ ॥ ਇਨ ਬਿਧਿ ਮਨੁ ਸਮਝਾਈਐ ਪੁਰਖਾ ਬਾਹੁੜਿ ਚੋਟ ਨ ਖਾਈਐ ॥ ਨਾਨਕੁ ਬੋਲੈ ਗੁਰਮੁਖਿ ਬੂਝੈ ਜੋਗ ਜੁਗਤਿ ਇਵ ਪਾਈਐ ॥੯॥ ਅੰਤਰਿ ਸਬਦੁ ਨਿਰੰਤਰਿ ਮੁਦ੍ਰਾ ਹਉਮੈ ਮਮਤਾ ਦੂਰਿ ਕਰੀ ॥ ਕਾਮੁ ਕ੍ਰੋਧੁ ਅਹੰਕਾਰੁ ਨਿਵਾਰੈ ਗੁਰ ਕੈ ਸਬਦਿ ਸੁ ਸਮਝ ਪਰੀ ॥ ਖਿੰਥਾ ਝੋਲੀ ਭਰਿਪੁਰਿ ਰਹਿਆ ਨਾਨਕ ਤਾਰੈ ਏਕੁ ਹਰੀ ॥ ਸਾਚਾ ਸਾਹਿਬੁ ਸਾਚੀ ਨਾਈ ਪਰਖੈ ਗੁਰ ਕੀ ਬਾਤ ਖਰੀ ॥੧●॥ ਊਂਧਉ ਖਪਰੁ ਪੰਚ ਭੂ ਟੋਪੀ ॥ ਕਾਂਇਆ ਕੜਾਸਣੁ ਮਨੁ ਜਾਗੋਟੀ ॥ ਸਤੁ ਸੰਤੋਖੁ ਸੰਜਮੁ ਹੈ ਨਾਲਿ ॥ ਨਾਨਕ ਗੁਰਮੁਖਿ ਨਾਮੁ ਸਮਾਲਿ ॥੧੧॥ ਕਵਨੁ ਸੁ ਗੁਪਤਾ ਕਵਨੁ ਸੁ ਮੁਕਤਾ ॥ ਕਵਨੁ ਸੁ ਅੰਤਰਿ ਬਾਹਰਿ ਜੁਗਤਾ ॥ ਕਵਨੁ ਸੁ ਆਵੈ ਕਵਨੁ ਸੁ ਜਾਇ ॥ ਕਵਨੁ ਸੁ ਤ੍ਰਿਭਵਣਿ ਰਹਿਆ ਸਮਾਇ ॥੧੨॥ ਘਟਿ ਘਟਿ ਗੁਪਤਾ ਗੁਰਮੁਖਿ ਮੁਕਤਾ ॥ ਅੰਤਰਿ ਬਾਹਰਿ ਸਬਦਿ ਸੁ ਜੁਗਤਾ ॥ ਮਨਮੁਖਿ ਬਿਨਸੈ ਆਵੈ ਜਾਇ ॥ ਨਾਨਕ ਗੁਰਮੁਖਿ ਸਾਚਿ ਸਮਾਇ ॥੧੩॥ ਕਿਉ ਕਰਿ ਬਾਧਾ ਸਰਪਨਿ ਖਾਧਾ ॥ ਕਿਉ ਕਰਿ ਖੋਇਆ ਕਿਉ ਕਰਿ ਲਾਧਾ ॥ ਕਿਉ ਕਰਿ ਨਿਰਮਲੁ ਕਿਉ ਕਰਿ ਅੰਧਿਆਰਾ ॥ ਇਹੁ ਤਤੁ ਬੀਚਾਰੈ ਸੁ ਗੁਰੂ ਹਮਾਰਾ ॥੧੪॥ ਦੁਰਮਤਿ ਬਾਧਾ ਸਰਪਨਿ ਖਾਧਾ ॥ ਮਨਮੁਖਿ ਖੋਇਆ ਗੁਰਮੁਖਿ ਲਾਧਾ ॥ ਸਤਿਗੁਰੁ ਮਿਲੈ ਅੰਧੇਰਾ ਜਾਇ ॥ ਨਾਨਕ ਹਉਮੈ ਮੇਟਿ ਸਮਾਇ ॥੧੫॥ ਸੁੰਨ ਨਿਰੰਤਰਿ ਦੀਜੈ ਬੰਧੁ ॥ ਉਡੈ ਨ ਹੰਸਾ ਪੜੈ ਨ ਕੰਧੁ ॥ ਸਹਜ ਗੁਫਾ ਘਰੁ ਜਾਣੈ ਸਾਚਾ ॥ ਨਾਨਕ ਸਾਚੇ ਭਾਵੈ ਸਾਚਾ ॥੧੬॥ ਕਿਸੁ ਕਾਰਣਿ ਗ੍ਰਿਹੁ ਤਜਿਓ ਉਦਾਸੀ ॥ ਕਿਸੁ ਕਾਰਣਿ ਇਹੁ ਭੇਖੁ ਨਿਵਾਸੀ ॥ ਕਿਸੁ ਵਖਰ ਕੇ ਤੁਮ ਵਣਜਾਰੇ ॥ ਕਿਉ ਕਰਿ ਸਾਥੁ ਲੰਘਾਵਹੁ ਪਾਰੇ ॥੧੭॥ ਗੁਰਮੁਖਿ ਖੋਜਤ ਭਏ ਉਦਾਸੀ ॥ ਦਰਸਨ ਕੈ ਤਾਈ ਭੇਖ ਨਿਵਾਸੀ ॥ ਸਾਚ ਵਖਰ ਕੇ ਹਮ ਵਣਜਾਰੇ ॥ ਨਾਨਕ ਗੁਰਮੁਖਿ ਉਤਰਸਿ ਪਾਰੇ ॥੧੮॥ ਕਿਤੁ ਬਿਧਿ ਪੁਰਖਾ ਜਨਮੁ ਵਟਾਇਆ ॥ ਕਾਹੇ ਕਉ ਤੁਝੁ ਇਹੁ ਮਨੁ ਲਾਇਆ

॥ ਕਿਤੁ ਬਿਧਿ ਆਸਾ ਮਨਸਾ ਖਾਈ ॥ ਕਿਤੁ ਬਿਧਿ ਜੋਤਿ ਨਿਰੰਤਰਿ ਪਾਈ ॥ ਬਿਨੁ ਦੰਤਾ ਕਿਉ ਖਾਈਐ ਸਾਰੁ ॥ ਨਾਨਕ ਸਾਚਾ ਕਰਹੁ ਬੀਚਾਰੁ ॥੧੯॥ ਸਤਿਗੁਰ ਕੈ ਜਨਮੇ ਗਵਨੁ ਮਿਟਾਇਆ ॥ ਅਨਹਤਿ ਰਾਤੇ ਇਹੁ ਮਨੁ ਲਾਇਆ ॥ ਮਨਸਾ ਆਸਾ ਸਬਦਿ ਜਲਾਈ ॥ ਗੁਰਮੁਖਿ ਜੋਤਿ ਨਿਰੰਤਰਿ ਪਾਈ ॥ ਤ੍ਰੈ ਗੁਣ ਮੇਟੇ ਖਾਈਐ ਸਾਰੁ ॥ ਨਾਨਕ ਤਾਰੇ ਤਾਰਣਹਾਰੁ ॥੨੦॥ ਆਦਿ ਕਉ ਕਵਨੁ ਬੀਚਾਰੁ ਕਥੀਅਲੇ ਸੁੰਨ ਕਹਾ ਘਰ ਵਾਸੋ ॥ ਗਿਆਨ ਕੀ ਮੁਦ੍ਰਾ ਕਵਨ ਕਥੀਅਲੇ ਘਟਿ ਘਟਿ ਕਵਨ ਨਿਵਾਸੋ ॥ ਕਾਲ ਕਾ ਠੀਗਾ ਕਿਉ ਜਲਾਈਅਲੇ ਕਿਉ ਨਿਰਭਉ ਘਰਿ ਜਾਈਐ ॥ ਸਹਜ ਸੰਤੋਖ ਕਾ ਆਸਣੁ ਜਾਣੈ ਕਿਉ ਛੇਦੇ ਬੈਰਾਈਐ ॥ ਗੁਰ ਕੈ ਸਬਦਿ ਹਉਮੈ ਬਿਖੁ ਮਾਰੈ ਤਾ ਨਿਜ ਘਰਿ ਹੋਵੈ ਵਾਸੋ ॥ ਜਿਨਿ ਰਚਿ ਰਚਿਆ ਤਿਸੁ ਸਬਦਿ ਪਛਾਣੈ ਨਾਨਕੁ ਤਾ ਕਾ ਦਾਸੋ ॥੨੧॥ ਕਹਾ ਤੇ ਆਵੈ ਕਹਾ ਇਹੁ ਜਾਵੈ ਕਹਾ ਇਹੁ ਰਹੈ ਸਮਾਈ ॥ ਏਸੁ ਸਬਦ ਕਉ ਜੋ ਅਰਥਾਵੈ ਤਿਸੁ ਗੁਰ ਤਿਲੁ ਨ ਤਮਾਈ ॥ ਕਿਉ ਤਤੈ ਅਵਿਗਤੈ ਪਾਵੈ ਗੁਰਮੁਖਿ ਲਗੈ ਪਿਆਰੋ ॥ ਆਪੇ ਸੁਰਤਾ ਆਪੇ ਕਰਤਾ ਕਹੁ ਨਾਨਕ ਬੀਚਾਰੋ ॥ ਹੁਕਮੇ ਆਵੈ ਹੁਕਮੇ ਜਾਵੈ ਹੁਕਮੇ ਰਹੈ ਸਮਾਈ ॥ ਪੂਰੇ ਗੁਰ ਤੇ ਸਾਚੁ ਕਮਾਵੈ ਗਤਿ ਮਿਤਿ ਸਬਦੇ ਪਾਈ ॥੨੨॥ ਆਦਿ ਕਉ ਬਿਸਮਾਦੁ ਬੀਚਾਰੁ ਕਥੀਅਲੇ ਸੁੰਨ ਨਿਰੰਤਰਿ ਵਾਸੁ ਲੀਆ ॥ ਅਕਲਪਤ ਮੁਦ੍ਰਾ ਗੁਰ ਗਿਆਨੁ ਬੀਚਾਰੀਅਲੇ ਘਟਿ ਘਟਿ ਸਾਚਾ ਸਰਬ ਜੀਆ ॥ ਗੁਰ ਬਚਨੀ ਅਵਿਗਤਿ ਸਮਾਈਐ ਤਤੁ ਨਿਰੰਜਨੁ ਸਹਜਿ ਲਹੈ ॥ ਨਾਨਕ ਦੂਜੀ ਕਾਰ ਨ ਕਰਣੀ ਸੇਵੈ ਸਿਖੁ ਸੁ ਖੋਜਿ ਲਹੈ ॥ ਹੁਕਮੁ ਬਿਸਮਾਦੁ ਹੁਕਮਿ ਪਛਾਣੈ ਜੀਅ ਜੁਗਤਿ ਸਚੁ ਜਾਣੈ ਸੋਈ ॥ ਆਪੁ ਮੇਟਿ ਨਿਰਾਲਮੁ ਹੋਵੈ ਅੰਤਰਿ ਸਾਚੁ ਜੋਗੀ ਕਹੀਐ ਸੋਈ ॥੨੩॥ ਅਵਿਗਤੋ ਨਿਰਮਾਇਲੁ ਉਪਜੇ ਨਿਰਗੁਣ ਤੇ ਸਰਗੁਣੁ ਥੀਆ ॥ ਸਤਿਗੁਰ ਪਰਚੈ ਪਰਮ ਪਦੁ ਪਾਈਐ ਸਾਚੈ ਸਬਦਿ ਸਮਾਇ ਲੀਆ ॥ ਏਕੇ ਕਉ ਸਚੁ ਏਕਾ ਜਾਣੈ ਹਉਮੈ ਦੂਜਾ ਦੂਰਿ ਕੀਆ ॥ ਸੋ ਜੋਗੀ ਗੁਰ ਸਬਦੁ ਪਛਾਣੈ ਅੰਤਰਿ ਕਮਲੁ ਪ੍ਰਗਾਸੁ ਥੀਆ ॥ ਜੀਵਤੁ ਮਰੈ ਤਾ ਸਭੁ ਕਿਛੁ ਸੂਝੈ ਅੰਤਰਿ ਜਾਣੈ ਸਰਬ ਦਇਆ ॥ ਨਾਨਕ ਤਾ ਕਉ ਮਿਲੈ ਵਡਾਈ ਆਪੁ ਪਛਾਣੈ ਸਰਬ ਜੀਆ ॥੨੪॥ ਸਾਚੌ ਉਪਜੈ ਸਾਚਿ ਸਮਾਵੈ ਸਾਚੇ ਸੂਚੇ ਏਕ ਮਇਆ ॥ ਝੂਠੇ ਆਵਹਿ ਠਵਰ ਨ ਪਾਵਹਿ ਦੂਜੈ ਆਵਾ ਗਉਣੁ ਭਇਆ ॥ ਆਵਾ ਗਉਣੁ ਮਿਟੈ ਗੁਰ ਸਬਦੀ ਆਪੇ

ਪਰਖੈ ਬਖਸਿ ਲਇਆ ॥ ਏਕਾ ਬੇਦਨ ਦੂਜੈ ਬਿਆਪੀ ਨਾਮੁ ਰਸਾਇਣੁ ਵੀਸਰਿਆ ॥ ਸੋ ਬੂਝੈ ਜਿਸੁ ਆਪਿ ਬੁਝਾਏ ਗੁਰ ਕੈ ਸਬਦਿ ਸੁ ਮੁਕਤੁ ਭਇਆ ॥ ਨਾਨਕ ਤਾਰੇ ਤਾਰਣਹਾਰਾ ਹਉਮੈ ਦੂਜਾ ਪਰਹਰਿਆ ॥੨੫॥ ਮਨਮੁਖਿ ਭੂਲੈ ਜਮ ਕੀ ਕਾਣਿ ॥ ਪਰ ਘਰੁ ਜੋਹੈ ਹਾਣੇ ਹਾਣਿ ॥ ਮਨਮੁਖਿ ਭਰਮਿ ਭਵੈ ਬੇਬਾਣਿ ॥ ਵੇਮਾਰਗਿ ਮੂਸੈ ਮੰਤ੍ਰਿ ਮਸਾਣਿ ॥ ਸਬਦੁ ਨ ਚੀਨੈ ਲਵੈ ਕੁਬਾਣਿ ॥ ਨਾਨਕ ਸਾਚਿ ਰਤੇ ਸੁਖੁ ਜਾਣਿ ॥੨੬॥ ਗੁਰਮੁਖਿ ਸਾਚੇ ਕਾ ਭਉ ਪਾਵੈ ॥ ਗੁਰਮੁਖਿ ਬਾਣੀ ਅਘੜੁ ਘੜਾਵੈ ॥ ਗੁਰਮੁਖਿ ਨਿਰਮਲ ਹਰਿ ਗੁਣ ਗਾਵੈ ॥ ਗੁਰਮੁਖਿ ਪਵਿਤ੍ਰੁ ਪਰਮ ਪਦੁ ਪਾਵੈ ॥ ਗੁਰਮੁਖਿ ਰੋਮਿ ਰੋਮਿ ਹਰਿ ਧਿਆਵੈ ॥ ਨਾਨਕ ਗੁਰਮੁਖਿ ਸਾਚਿ ਸਮਾਵੈ ॥੨੭॥ ਗੁਰਮੁਖਿ ਪਰਚੈ ਬੇਦ ਬੀਚਾਰੀ ॥ ਗੁਰਮੁਖਿ ਪਰਚੈ ਤਰੀਐ ਤਾਰੀ ॥ ਗੁਰਮੁਖਿ ਪਰਚੈ ਸੁ ਸਬਦਿ ਗਿਆਨੀ ॥ ਗੁਰਮੁਖਿ ਪਰਚੈ ਅੰਤਰ ਬਿਧਿ ਜਾਨੀ ॥ ਗੁਰਮੁਖਿ ਪਾਈਐ ਅਲਖ ਅਪਾਰੁ ॥ ਨਾਨਕ ਗੁਰਮੁਖਿ ਮੁਕਤਿ ਦੁਆਰੁ ॥੨੮॥ ਗੁਰਮੁਖਿ ਅਕਥੁ ਕਥੈ ਬੀਚਾਰਿ ॥ ਗੁਰਮੁਖਿ ਨਿਬਹੈ ਸਪਰਵਾਰਿ ॥ ਗੁਰਮੁਖਿ ਜਪੀਐ ਅੰਤਰਿ ਪਿਆਰਿ ॥ ਗੁਰਮੁਖਿ ਪਾਈਐ ਸਬਦਿ ਅਚਾਰਿ ॥ ਸਬਦਿ ਭੇਦਿ ਜਾਣੈ ਜਾਣਾਈ ॥ ਨਾਨਕ ਹਉਮੈ ਜਾਲਿ ਸਮਾਈ ॥੨੯॥ ਗੁਰਮੁਖਿ ਧਰਤੀ ਸਾਚੈ ਸਾਜੀ ॥ ਤਿਸ ਮਹਿ ਓਪਤਿ ਖਪਤਿ ਸੁ ਬਾਜੀ ॥ ਗੁਰ ਕੈ ਸਬਦਿ ਰਪੈ ਰੰਗੁ ਲਾਇ ॥ ਸਾਚਿ ਰਤਉ ਪਤਿ ਸਿਉ ਘਰਿ ਜਾਇ ॥ ਸਾਚ ਸਬਦ ਬਿਨੁ ਪਤਿ ਨਹੀ ਪਾਵੈ ॥ ਨਾਨਕ ਬਿਨੁ ਨਾਵੈ ਕਿਉ ਸਾਚਿ ਸਮਾਵੈ ॥੩੦॥ ਗੁਰਮੁਖਿ ਅਸਟ ਸਿਧੀ ਸਭਿ ਬੁਧੀ ॥ ਗੁਰਮੁਖਿ ਭਵਜਲੁ ਤਰੀਐ ਸਚ ਸੁਧੀ ॥ ਗੁਰਮੁਖਿ ਸਰ ਅਪਸਰ ਬਿਧਿ ਜਾਣੈ ॥ ਗੁਰਮੁਖਿ ਪਰਵਿਰਤਿ ਨਰਵਿਰਤਿ ਪਛਾਣੈ ॥ ਗੁਰਮੁਖਿ ਤਾਰੇ ਪਾਰਿ ਉਤਾਰੇ ॥ ਨਾਨਕ ਗੁਰਮੁਖਿ ਸਬਦਿ ਨਿਸਤਾਰੇ ॥੩੧॥ ਨਾਮੇ ਰਾਤੇ ਹਉਮੈ ਜਾਇ ॥ ਨਾਮਿ ਰਤੇ ਸਚਿ ਰਹੇ ਸਮਾਇ ॥ ਨਾਮਿ ਰਤੇ ਜੋਗ ਜੁਗਤਿ ਬੀਚਾਰੁ ॥ ਨਾਮਿ ਰਤੇ ਪਾਵਹਿ ਮੋਖ ਦੁਆਰੁ ॥ ਨਾਮਿ ਰਤੇ ਤ੍ਰਿਭਵਣ ਸੋਝੀ ਹੋਇ ॥ ਨਾਨਕ ਨਾਮਿ ਰਤੇ ਸਦਾ ਸੁਖੁ ਹੋਇ ॥੩੨॥ ਨਾਮਿ ਰਤੇ ਸਿਧ ਗੋਸਟਿ ਹੋਇ ॥ ਨਾਮਿ ਰਤੇ ਸਦਾ ਤਪੁ ਹੋਇ ॥ ਨਾਮਿ ਰਤੇ ਸਚੁ ਕਰਣੀ ਸਾਰੁ ॥ ਨਾਮਿ ਰਤੇ ਗੁਣ ਗਿਆਨ ਬੀਚਾਰੁ ॥ ਬਿਨੁ ਨਾਵੈ ਬੋਲੈ ਸਭੁ ਵੇਕਾਰੁ ॥ ਨਾਨਕ ਨਾਮਿ ਰਤੇ ਤਿਨ ਕਉ ਜੈਕਾਰੁ ॥੩੩॥ ਪੂਰੇ ਗੁਰ ਤੇ ਨਾਮੁ ਪਾਇਆ ਜਾਇ ॥ ਜੋਗ ਜੁਗਤਿ ਸਚਿ ਰਹੈ ਸਮਾਇ ॥ ਬਾਰਹ ਮਹ ਜੋਗੀ

ਭਰਮਾਏ ਸੰਨਿਆਸੀ ਛਿਅ ਚਾਰਿ ॥ ਗੁਰ ਕੈ ਸਬਦਿ ਜੋ ਮਰਿ ਜੀਵੈ ਸੋ ਪਾਏ ਮੋਖ ਦੁਆਰੁ ॥ ਬਿਨੁ ਸਬਦੈ ਸਭਿ ਦੂਜੈ ਲਾਗੇ ਦੇਖਹੁ ਰਿਦੈ ਬੀਚਾਰਿ ॥ ਨਾਨਕ ਵਡੇ ਸੇ ਵਡਭਾਗੀ ਜਿਨੀ ਸਚੁ ਰਖਿਆ ਉਰ ਧਾਰਿ ॥੩੪॥ ਗੁਰਮੁਖਿ ਰਤਨੁ ਲਹੈ ਲਿਵ ਲਾਇ ॥ ਗੁਰਮੁਖਿ ਪਰਖੈ ਰਤਨੁ ਸੁਭਾਇ ॥ ਗੁਰਮੁਖਿ ਸਾਚੀ ਕਾਰ ਕਮਾਇ ॥ ਗੁਰਮੁਖਿ ਸਾਚੇ ਮਨੁ ਪਤੀਆਇ ॥ ਗੁਰਮੁਖਿ ਅਲਖੁ ਲਖਾਏ ਤਿਸੁ ਭਾਵੈ ॥ ਨਾਨਕ ਗੁਰਮੁਖਿ ਚੋਟ ਨ ਖਾਵੈ ॥੩੫॥ ਗੁਰਮੁਖਿ ਨਾਮੁ ਦਾਨੁ ਇਸਨਾਨੁ ॥ ਗੁਰਮੁਖਿ ਲਾਗੈ ਸਹਜਿ ਧਿਆਨੁ ॥ ਗੁਰਮੁਖਿ ਪਾਵੈ ਦਰਗਹ ਮਾਨੁ ॥ ਗੁਰਮੁਖਿ ਭਉ ਭੰਜਨੁ ਪਰਧਾਨੁ ॥ ਗੁਰਮੁਖਿ ਕਰਣੀ ਕਾਰ ਕਰਾਏ ॥ ਨਾਨਕ ਗੁਰਮੁਖਿ ਮੇਲਿ ਮਿਲਾਏ ॥੩੬॥ ਗੁਰਮੁਖਿ ਸਾਸਤ੍ਰ ਸਿਮ੍ਰਿਤਿ ਬੇਦ ॥ ਗੁਰਮੁਖਿ ਪਾਵੈ ਘਟਿ ਘਟਿ ਭੇਦ ॥ ਗੁਰਮੁਖਿ ਵੈਰ ਵਿਰੋਧ ਗਵਾਵੈ ॥ ਗੁਰਮੁਖਿ ਸਗਲੀ ਗਣਤ ਮਿਟਾਵੈ ॥ ਗੁਰਮੁਖਿ ਰਾਮ ਨਾਮ ਰੰਗਿ ਰਾਤਾ ॥ ਨਾਨਕ ਗੁਰਮੁਖਿ ਖਸਮੁ ਪਛਾਤਾ ॥੩੭॥ ਬਿਨੁ ਗੁਰ ਭਰਮੈ ਆਵੈ ਜਾਇ ॥ ਬਿਨੁ ਗੁਰ ਘਾਲ ਨ ਪਵਈ ਥਾਇ ॥ ਬਿਨੁ ਗੁਰ ਮਨੂਆ ਅਤਿ ਡੋਲਾਇ ॥ ਬਿਨੁ ਗੁਰ ਤ੍ਰਿਪਤਿ ਨਹੀ ਬਿਖੁ ਖਾਇ ॥ ਬਿਨੁ ਗੁਰ ਬਿਸੀਅਰੁ ਡਸੈ ਮਰਿ ਵਾਟ ॥ ਨਾਨਕ ਗੁਰ ਬਿਨੁ ਘਾਟੇ ਘਾਟ ॥੩੮॥ ਜਿਸੁ ਗੁਰੁ ਮਿਲੈ ਤਿਸੁ ਪਾਰਿ ਉਤਾਰੈ ॥ ਅਵਗਣ ਮੇਟੈ ਗੁਣਿ ਨਿਸਤਾਰੈ ॥ ਮੁਕਤਿ ਮਹਾ ਸੁਖ ਗੁਰ ਸਬਦੁ ਬੀਚਾਰਿ ॥ ਗੁਰਮੁਖਿ ਕਦੇ ਨ ਆਵੈ ਹਾਰਿ ॥ ਤਨੁ ਹਟੜੀ ਇਹੁ ਮਨੁ ਵਣਜਾਰਾ ॥ ਨਾਨਕ ਸਹਜੇ ਸਚੁ ਵਾਪਾਰਾ ॥੩੯॥ ਗੁਰਮੁਖਿ ਬਾਂਧਿਓ ਸੇਤੁ ਬਿਧਾਤੈ ॥ ਲੰਕਾ ਲੂਟੀ ਦੈਤ ਸੰਤਾਪੈ ॥ ਰਾਮਚੰਦਿ ਮਾਰਿਓ ਅਹਿ ਰਾਵਣੁ ॥ ਭੇਦੁ ਬਭੀਖਣ ਗੁਰਮੁਖਿ ਪਰਚਾਇਣੁ ॥ ਗੁਰਮੁਖਿ ਸਾਇਰਿ ਪਾਹਣ ਤਾਰੇ ॥ ਗੁਰਮੁਖਿ ਕੋਟਿ ਤੇਤੀਸ ਉਧਾਰੇ ॥੪●॥ ਗੁਰਮੁਖਿ ਚੂਕੈ ਆਵਣ ਜਾਣੁ ॥ ਗੁਰਮੁਖਿ ਦਰਗਹ ਪਾਵੈ ਮਾਣੁ ॥ ਗੁਰਮੁਖਿ ਖੋਟੇ ਖਰੇ ਪਛਾਣੁ ॥ ਗੁਰਮੁਖਿ ਲਾਗੈ ਸਹਜਿ ਧਿਆਨੁ ॥ ਗੁਰਮੁਖਿ ਦਰਗਹ ਸਿਫਤਿ ਸਮਾਇ ॥ ਨਾਨਕ ਗੁਰਮੁਖਿ ਬੰਧੁ ਨ ਪਾਇ ॥੪੧॥ ਗੁਰਮੁਖਿ ਨਾਮੁ ਨਿਰੰਜਨ ਪਾਏ ॥ ਗੁਰਮੁਖਿ ਹਉਮੈ ਸਬਦਿ ਜਲਾਏ ॥ ਗੁਰਮੁਖਿ ਸਾਚੇ ਕੇ ਗੁਣ ਗਾਏ ॥ ਗੁਰਮੁਖਿ ਸਾਚੈ ਰਹੈ ਸਮਾਏ ॥ ਗੁਰਮੁਖਿ ਸਾਚਿ ਨਾਮਿ ਪਤਿ ਊਤਮ ਹੋਇ ॥ ਨਾਨਕ ਗੁਰਮੁਖਿ ਸਗਲ ਭਵਣ ਕੀ ਸੋਝੀ ਹੋਇ ॥੪੨॥ ਕਵਣ ਮੂਲੁ ਕਵਣ ਮਤਿ ਵੇਲਾ ॥ ਤੇਰਾ ਕਵਣੁ ਗੁਰੂ ਜਿਸ ਕਾ ਤੂ ਚੇਲਾ ॥ ਕਵਣ

ਕਥਾ ਲੇ ਰਹਹੁ ਨਿਰਾਲੇ ॥ ਬੋਲੈ ਨਾਨਕੁ ਸੁਣਹੁ ਤੁਮ ਬਾਲੇ ॥ ਏਸੁ ਕਥਾ ਕਾ ਦੇਇ ਬੀਚਾਰੁ ॥ ਭਵਜਲੁ ਸਬਦਿ ਲੰਘਾਵਣਹਾਰੁ ॥੪੩॥ ਪਵਨ ਅਰੰਭੁ ਸਤਿਗੁਰ ਮਤਿ ਵੇਲਾ ॥ ਸਬਦੁ ਗੁਰੂ ਸੁਰਤਿ ਧੁਨਿ ਚੇਲਾ ॥ ਅਕਥ ਕਥਾ ਲੇ ਰਹਉ ਨਿਰਾਲਾ ॥ ਨਾਨਕ ਜੁਗਿ ਜੁਗਿ ਗੁਰ ਗੋਪਾਲਾ ॥ ਏਕੁ ਸਬਦੁ ਜਿਤੁ ਕਥਾ ਵੀਚਾਰੀ ॥ ਗੁਰਮੁਖਿ ਹਉਮੈ ਅਗਨਿ ਨਿਵਾਰੀ ॥੪੪॥ ਮੈਣ ਕੇ ਦੰਤ ਕਿਉ ਖਾਈਐ ਸਾਰੁ ॥ ਜਿਤੁ ਗਰਬੁ ਜਾਇ ਸੁ ਕਵਣੁ ਆਹਾਰੁ ॥ ਹਿਵੈ ਕਾ ਘਰੁ ਮੰਦਰੁ ਅਗਨਿ ਪਿਰਾਹਨੁ ॥ ਕਵਨ ਗੁਫਾ ਜਿਤੁ ਰਹੈ ਅਵਾਹਨੁ ॥ ਇਤ ਉਤ ਕਿਸ ਕਉ ਜਾਣਿ ਸਮਾਵੈ ॥ ਕਵਨ ਧਿਆਨੁ ਮਨੁ ਮਨਹਿ ਸਮਾਵੈ ॥੪੫॥ ਹਉ ਹਉ ਮੈ ਮੈ ਵਿਚਹੁ ਖੋਵੈ ॥ ਦੂਜਾ ਮੇਟੈ ਏਕੋ ਹੋਵੈ ॥ ਜਗੁ ਕਰੜਾ ਮਨਮੁਖੁ ਗਵਾਰੁ ॥ ਸਬਦੁ ਕਮਾਈਐ ਖਾਈਐ ਸਾਰੁ ॥ ਅੰਤਰਿ ਬਾਹਰਿ ਏਕੋ ਜਾਣੈ ॥ ਨਾਨਕ ਅਗਨਿ ਮਰੈ ਸਤਿਗੁਰ ਕੈ ਭਾਣੈ ॥੪੬॥ ਸਚ ਭੈ ਰਾਤਾ ਗਰਬੁ ਨਿਵਾਰੈ ॥ ਏਕੋ ਜਾਤਾ ਸਬਦੁ ਵੀਚਾਰੈ ॥ ਸਬਦੁ ਵਸੈ ਸਚੁ ਅੰਤਰਿ ਹੀਆ ॥ ਤਨੁ ਮਨੁ ਸੀਤਲੁ ਰੰਗਿ ਰੰਗੀਆ ॥ ਕਾਮੁ ਕ੍ਰੋਧੁ ਬਿਖੁ ਅਗਨਿ ਨਿਵਾਰੇ ॥ ਨਾਨਕ ਨਦਰੀ ਨਦਰਿ ਪਿਆਰੇ ॥੪੭॥ ਕਵਨ ਮੁਖਿ ਚੰਦੁ ਹਿਵੈ ਘਰੁ ਛਾਇਆ ॥ ਕਵਨ ਮੁਖਿ ਸੂਰਜੁ ਤਪੈ ਤਪਾਇਆ ॥ ਕਵਨ ਮੁਖਿ ਕਾਲੁ ਜੋਹਤ ਨਿਤ ਰਹੈ ॥ ਕਵਨ ਬੁਧਿ ਗੁਰਮੁਖਿ ਪਤਿ ਰਹੈ ॥ ਕਵਨੁ ਜੋਧੁ ਜੋ ਕਾਲੁ ਸੰਘਾਰੈ ॥ ਬੋਲੈ ਬਾਣੀ ਨਾਨਕੁ ਬੀਚਾਰੈ ॥੪੮॥ ਸਬਦੁ ਭਾਖਤ ਸਸਿ ਜੋਤਿ ਅਪਾਰਾ ॥ ਸਸਿ ਘਰਿ ਸੂਰੁ ਵਸੈ ਮਿਟੈ ਅੰਧਿਆਰਾ ॥ ਸੁਖੁ ਦੁਖੁ ਸਮ ਕਰਿ ਨਾਮੁ ਅਧਾਰਾ ॥ ਆਪੇ ਪਾਰਿ ਉਤਾਰਣਹਾਰਾ ॥ ਗੁਰ ਪਰਚੈ ਮਨੁ ਸਾਚਿ ਸਮਾਇ ॥ ਪ੍ਰਣਵਤਿ ਨਾਨਕੁ ਕਾਲੁ ਨ ਖਾਇ ॥੪੯॥ ਨਾਮ ਤਤੁ ਸਭ ਹੀ ਸਿਰਿ ਜਾਪੈ ॥ ਬਿਨੁ ਨਾਵੈ ਦੁਖੁ ਕਾਲੁ ਸੰਤਾਪੈ ॥ ਤਤੋ ਤਤੁ ਮਿਲੈ ਮਨੁ ਮਾਨੈ ॥ ਦੂਜਾ ਜਾਇ ਇਕਤੁ ਘਰਿ ਆਨੈ ॥ ਬੋਲੈ ਪਵਨਾ ਗਗਨੁ ਗਰਜੈ ॥ ਨਾਨਕ ਨਿਹਚਲੁ ਮਿਲਣੁ ਸਹਜੈ ॥੫੦॥ ਅੰਤਰਿ ਸੁੰਨੰ ਬਾਹਰਿ ਸੁੰਨੰ ਤ੍ਰਿਭਵਣ ਸੁੰਨ ਮਸੁੰਨੰ ॥ ਚਉਥੇ ਸੁੰਨੈ ਜੋ ਨਰੁ ਜਾਣੈ ਤਾ ਕਉ ਪਾਪੁ ਨ ਪੁੰਨੰ ॥ ਘਟਿ ਘਟਿ ਸੁੰਨ ਕਾ ਜਾਣੈ ਭੇਉ ॥ ਆਦਿ ਪੁਰਖੁ ਨਿਰੰਜਨ ਦੇਉ ॥ ਜੋ ਜਨੁ ਨਾਮ ਨਿਰੰਜਨ ਰਾਤਾ ॥ ਨਾਨਕ ਸੋਈ ਪੁਰਖੁ ਬਿਧਾਤਾ ॥੫੧॥ ਸੁੰਨੋ ਸੁੰਨੁ ਕਹੈ ਸਭੁ ਕੋਈ ॥ ਅਨਹਤ ਸੁੰਨੁ ਕਹਾ ਤੇ ਹੋਈ ॥ ਅਨਹਤ ਸੁੰਨਿ ਰਤੇ ਸੇ ਕੈਸੇ ॥ ਜਿਸ ਤੇ ਉਪਜੇ ਤਿਸ ਹੀ ਜੈਸੇ ॥ ਓਇ ਜਨਮਿ ਨ ਮਰਹਿ ਨ ਆਵਹਿ ਜਾਹਿ

॥ ਨਾਨਕ ਗੁਰਮੁਖਿ ਮਨੁ ਸਮਝਾਹਿ ॥੫੨॥ ਨਉ ਸਰ ਸੁਭਰ ਦਸਵੈ ਪੂਰੇ ॥ ਤਹ ਅਨਹਤ ਸੁੰਨ ਵਜਾਵਹਿ ਤੂਰੇ ॥ ਸਾਚੈ ਰਾਚੇ ਦੇਖਿ ਹਜੂਰੇ ॥ ਘਟਿ ਘਟਿ ਸਾਚੁ ਰਹਿਆ ਭਰਪੂਰੇ ॥ ਗੁਪਤੀ ਬਾਣੀ ਪਰਗਟੁ ਹੋਇ ॥ ਨਾਨਕ ਪਰਖਿ ਲਏ ਸਚੁ ਸੋਇ ॥੫੩॥ ਸਹਜ ਭਾਇ ਮਿਲੀਐ ਸੁਖੁ ਹੋਵੈ ॥ ਗੁਰਮੁਖਿ ਜਾਗੈ ਨੀਦ ਨ ਸੋਵੈ ॥ ਸੁੰਨ ਸਬਦੁ ਅਪਰੰਪਰਿ ਧਾਰੈ ॥ ਕਹਤੇ ਮੁਕਤੁ ਸਬਦਿ ਨਿਸਤਾਰੈ ॥ ਗੁਰ ਕੀ ਦੀਖਿਆ ਸੇ ਸਚਿ ਰਾਤੇ ॥ ਨਾਨਕ ਆਪੁ ਗਵਾਇ ਮਿਲਣ ਨਹੀ ਭ੍ਰਾਤੇ ॥੫੪॥ ਕੁਬੁਧਿ ਚਵਾਵੈ ਸੋ ਕਿਤੁ ਠਾਇ ॥ ਕਿਉ ਤਤੁ ਨ ਬੂਝੈ ਚੋਟਾ ਖਾਇ ॥ ਜਮ ਦਰਿ ਬਾਧੇ ਕੋਇ ਨ ਰਾਖੈ ॥ ਬਿਨੁ ਸਬਦੈ ਨਾਹੀ ਪਤਿ ਸਾਖੈ ॥ ਕਿਉ ਕਰਿ ਬੂਝੈ ਪਾਵੈ ਪਾਰੁ ॥ ਨਾਨਕ ਮਨਮੁਖਿ ਨ ਬੁਝੈ ਗਵਾਰੁ ॥੫੫॥ ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ ॥ ਸਤਿਗੁਰੁ ਭੇਟੈ ਮੋਖ ਦੁਆਰ ॥ ਤਤੁ ਨ ਚੀਨੈ ਮਨਮੁਖੁ ਜਲਿ ਜਾਇ ॥ ਦੁਰਮਤਿ ਵਿਛੁੜਿ ਚੋਟਾ ਖਾਇ ॥ ਮਾਨੈ ਹੁਕਮੁ ਸਭੇ ਗੁਣ ਗਿਆਨ ॥ ਨਾਨਕ ਦਰਗਹ ਪਾਵੈ ਮਾਨੁ ॥੫੬॥ ਸਾਚੁ ਵਖਰੁ ਧਨੁ ਪਲੈ ਹੋਇ ॥ ਆਪਿ ਤਰੈ ਤਾਰੇ ਭੀ ਸੋਇ ॥ ਸਹਜਿ ਰਤਾ ਬੂਝੈ ਪਤਿ ਹੋਇ ॥ ਤਾ ਕੀ ਕੀਮਤਿ ਕਰੈ ਨ ਕੋਇ ॥ ਜਹ ਦੇਖਾ ਤਹ ਰਹਿਆ ਸਮਾਇ ॥ ਨਾਨਕ ਪਾਰਿ ਪਰੈ ਸਚ ਭਾਇ ॥੫੭॥ ਸੁ ਸਬਦ ਕਾ ਕਹਾ ਵਾਸੁ ਕਥੀਅਲੇ ਜਿਤੁ ਤਰੀਐ ਭਵਜਲੁ ਸੰਸਾਰੋ ॥ ਤ੍ਰੈ ਸਤ ਅੰਗੁਲ ਵਾਈ ਕਹੀਐ ਤਿਸੁ ਕਹੁ ਕਵਨ ਅਧਾਰੋ ॥ ਬੋਲੈ ਖੇਲੈ ਅਸਥਿਰੁ ਹੋਵੈ ਕਿਉ ਕਰਿ ਅਲਖੁ ਲਖਾਏ ॥ ਸੁਣਿ ਸੁਆਮੀ ਸਚੁ ਨਾਨਕੁ ਪ੍ਰਣਵੈ ਅਪਣੇ ਮਨ ਸਮਝਾਏ ॥ ਗੁਰਮੁਖਿ ਸਬਦੇ ਸਚਿ ਲਿਵ ਲਾਗੈ ਕਰਿ ਨਦਰੀ ਮੇਲਿ ਮਿਲਾਏ ॥ ਆਪੇ ਦਾਨਾ ਆਪੇ ਬੀਨਾ ਪੂਰੈ ਭਾਗਿ ਸਮਾਏ ॥੫੮॥ ਸੁ ਸਬਦ ਕਉ ਨਿਰੰਤਰਿ ਵਾਸੁ ਅਲਖੰ ਜਹ ਦੇਖਾ ਤਹ ਸੋਈ ॥ ਪਵਨ ਕਾ ਵਾਸਾ ਸੁੰਨ ਨਿਵਾਸਾ ਅਕਲ ਕਲਾ ਧਰ ਸੋਈ ॥ ਨਦਰਿ ਕਰੇ ਸਬਦੁ ਘਟ ਮਹਿ ਵਸੈ ਵਿਚਹੁ ਭਰਮੁ ਗਵਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਨਾਮੋੁ ਮੰਨਿ ਵਸਾਏ ॥ ਸਬਦਿ ਗੁਰੂ ਭਵਸਾਗਰੁ ਤਰੀਐ ਇਤ ਉਤ ਏਕੋ ਜਾਣੈ ॥ ਚਿਹਨੁ ਵਰਨੁ ਨਹੀ ਛਾਇਆ ਮਾਇਆ ਨਾਨਕ ਸਬਦੁ ਪਛਾਣੈ ॥੫੯॥ ਤ੍ਰੈ ਸਤ ਅੰਗੁਲ ਵਾਈ ਅਉਧੂ ਸੁੰਨ ਸਚੁ ਆਹਾਰੋ ॥ ਗੁਰਮੁਖਿ ਬੋਲੈ ਤਤੁ ਬਿਰੋਲੈ ਚੀਨੈ ਅਲਖ ਅਪਾਰੋ ॥ ਤ੍ਰੈ ਗੁਣ ਮੇਟੈ ਸਬਦੁ ਵਸਾਏ ਤਾ ਮਨਿ ਚੂਕੈ ਅਹੰਕਾਰੋ ॥ ਅੰਤਰਿ ਬਾਹਰਿ ਏਕੋ ਜਾਣੈ ਤਾ ਹਰਿ ਨਾਮਿ ਲਗੈ ਪਿਆਰੋ ॥ ਸੁਖਮਨਾ

ਇੜਾ ਪਿੰਗੁਲਾ ਬੂਝੈ ਜਾ ਆਪੇ ਅਲਖੁ ਲਖਾਏ ॥ ਨਾਨਕ ਤਿਹੁ ਤੇ ਊਪਰਿ ਸਾਚਾ ਸਤਿਗੁਰ ਸਬਦਿ ਸਮਾਏ ॥੬●॥ ਮਨ ਕਾ ਜੀਉ ਪਵਨੁ ਕਥੀਅਲੇ ਪਵਨੁ ਕਹਾ ਰਸੁ ਖਾਈ ॥ ਗਿਆਨ ਕੀ ਮੁਦ੍ਰਾ ਕਵਨ ਅਉਧੂ ਸਿਧ ਕੀ ਕਵਨ ਕਮਾਈ ॥ ਬਿਨੁ ਸਬਦੈ ਰਸੁ ਨ ਆਵੈ ਅਉਧੂ ਹਉਮੈ ਪਿਆਸ ਨ ਜਾਈ ॥ ਸਬਦਿ ਰਤੇ ਅੰਮ੍ਰਿਤ ਰਸੁ ਪਾਇਆ ਸਾਚੇ ਰਹੇ ਅਘਾਈ ॥ ਕਵਨ ਬੁਧਿ ਜਿਤੁ ਅਸਥਿਰੁ ਰਹੀਐ ਕਿਤੁ ਭੋਜਨਿ ਤ੍ਰਿਪਤਾਸੈ ॥ ਨਾਨਕ ਦੁਖੁ ਸੁਖੁ ਸਮ ਕਰਿ ਜਾਪੈ ਸਤਿਗੁਰ ਤੇ ਕਾਲੁ ਨ ਗ੍ਰਾਸੈ ॥੬੧॥ ਰੰਗਿ ਨ ਰਾਤਾ ਰਸਿ ਨਹੀ ਮਾਤਾ ॥ ਬਿਨੁ ਗੁਰ ਸਬਦੈ ਜਲਿ ਬਲਿ ਤਾਤਾ ॥ ਬਿੰਦੁ ਨ ਰਾਖਿਆ ਸਬਦੁ ਨ ਭਾਖਿਆ ॥ ਪਵਨੁ ਨ ਸਾਧਿਆ ਸਚੁ ਨ ਅਰਾਧਿਆ ॥ ਅਕਥ ਕਥਾ ਲੇ ਸਮ ਕਰਿ ਰਹੈ ॥ ਤਉ ਨਾਨਕ ਆਤਮ ਰਾਮ ਕਉ ਲਹੈ ॥੬੨॥ ਗੁਰ ਪਰਸਾਦੀ ਰੰਗੇ ਰਾਤਾ ॥ ਅੰਮ੍ਰਿਤੁ ਪੀਆ ਸਾਚੇ ਮਾਤਾ ॥ ਗੁਰ ਵੀਚਾਰੀ ਅਗਨਿ ਨਿਵਾਰੀ ॥ ਅਪਿਉ ਪੀਓ ਆਤਮ ਸੁਖੁ ਧਾਰੀ ॥ ਸਚੁ ਅਰਾਧਿਆ ਗੁਰਮੁਖਿ ਤਰੁ ਤਾਰੀ ॥ ਨਾਨਕ ਬੂਝੈ ਕੋ ਵੀਚਾਰੀ ॥੬੩॥ ਇਹੁ ਮਨੁ ਮੈਗਲੁ ਕਹਾ ਬਸੀਅਲੇ ਕਹਾ ਬਸੈ ਇਹੁ ਪਵਨਾ ॥ ਕਹਾ ਬਸੈ ਸੁ ਸਬਦੁ ਅਉਧੂ ਤਾ ਕਉ ਚੂਕੈ ਮਨ ਕਾ ਭਵਨਾ ॥ ਨਦਰਿ ਕਰੇ ਤਾ ਸਤਿਗੁਰਿ ਮੇਲੇ ਤਾ ਨਿਜ ਘਰਿ ਵਾਸਾ ਇਹੁ ਮਨੁ ਪਾਏ ॥ ਆਪੈ ਆਪੁ ਖਾਇ ਤਾ ਨਿਰਮਲੁ ਹੋਵੈ ਧਾਵਤੁ ਵਰਜਿ ਰਹਾਏ ॥ ਕਿਉ ਮੂਲੁ ਪਛਾਣੈ ਆਤਮੁ ਜਾਣੈ ਕਿਉ ਸਸਿ ਘਰਿ ਸੂਰੁ ਸਮਾਵੈ ॥ ਗੁਰਮੁਖਿ ਹਉਮੈ ਵਿਚਹੁ ਖੋਵੈ ਤਉ ਨਾਨਕ ਸਹਜਿ ਸਮਾਵੈ ॥੬੪॥ ਇਹੁ ਮਨੁ ਨਿਹਚਲੁ ਹਿਰਦੈ ਵਸੀਅਲੇ ਗੁਰਮੁਖਿ ਮੂਲੁ ਪਛਾਣਿ ਰਹੈ ॥ ਨਾਭਿ ਪਵਨੁ ਘਰਿ ਆਸਣਿ ਬੈਸੈ ਗੁਰਮੁਖਿ ਖੋਜਤ ਤਤੁ ਲਹੈ ॥ ਸੁ ਸਬਦੁ ਨਿਰੰਤਰਿ ਨਿਜ ਘਰਿ ਆਛੈ ਤ੍ਰਿਭਵਣ ਜੋਤਿ ਸੁ ਸਬਦਿ ਲਹੈ ॥ ਖਾਵੈ ਦੂਖ ਭੂਖ ਸਾਚੇ ਕੀ ਸਾਚੇ ਹੀ ਤ੍ਰਿਪਤਾਸਿ ਰਹੈ ॥ ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ ॥ ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ ॥੬੫॥ ਜਾ ਇਹੁ ਹਿਰਦਾ ਦੇਹ ਨ ਹੋਤੀ ਤਉ ਮਨੁ ਕੈਠੈ ਰਹਤਾ ॥ ਨਾਭਿ ਕਮਲ ਅਸਥੰਭੁ ਨ ਹੋਤੋ ਤਾ ਪਵਨੁ ਕਵਨ ਘਰਿ ਸਹਤਾ ॥ ਰੂਪੁ ਨ ਹੋਤੋ ਰੇਖ ਨ ਕਾਈ ਤਾ ਸਬਦਿ ਕਹਾ ਲਿਵ ਲਾਈ ॥ ਰਕਤੁ ਬਿੰਦੁ ਕੀ ਮੜੀ ਨ ਹੋਤੀ ਮਿਤਿ ਕੀਮਤਿ ਨਹੀ ਪਾਈ ॥ ਵਰਨੁ ਭੇਖੁ ਅਸਰੂਪੁ ਨ ਜਾਪੀ ਕਿਉ ਕਰਿ ਜਾਪਸਿ ਸਾਚਾ ॥ ਨਾਨਕ ਨਾਮਿ ਰਤੇ ਬੈਰਾਗੀ ਇਬ

ਤਬ ਸਾਚੋ ਸਾਚਾ ॥੬੬॥ ਹਿਰਦਾ ਦੇਹ ਨ ਹੋਤੀ ਅਉਧੂ ਤਉ ਮਨੁ ਸੁੰਨਿ ਰਹੈ ਬੈਰਾਗੀ ॥ ਨਾਭਿ ਕਮਲੁ ਅਸਥੰਭੁ ਨ ਹੋਤੋ ਤਾ ਨਿਜ ਘਰਿ ਬਸਤਉ ਪਵਨੁ ਅਨਰਾਗੀ ॥ ਰੂਪੁ ਨ ਰੇਖਿਆ ਜਾਤਿ ਨ ਹੋਤੀ ਤਉ ਅਕੁਲੀਣਿ ਰਹਤਉ ਸਬਦੁ ਸੁ ਸਾਰੁ ॥ ਗਉਨੁ ਗਗਨੁ ਜਬ ਤਬਹਿ ਨ ਹੋਤਉ ਤ੍ਰਿਭਵਣ ਜੋਤਿ ਆਪੇ ਨਿਰੰਕਾਰੁ ॥ ਵਰਨੁ ਭੇਖੁ ਅਸਰੂਪੁ ਸੁ ਏਕੋ ਏਕੋ ਸਬਦੁ ਵਿਡਾਣੀ ॥ ਸਾਚ ਬਿਨਾ ਸੂਚਾ ਕੋ ਨਾਹੀ ਨਾਨਕ ਅਕਥ ਕਹਾਣੀ ॥੬੭॥ ਕਿਤੁ ਕਿਤੁ ਬਿਧਿ ਜਗੁ ਉਪਜੈ ਪੁਰਖਾ ਕਿਤੁ ਕਿਤੁ ਦੁਖਿ ਬਿਨਸਿ ਜਾਈ ॥ ਹਉਮੈ ਵਿਚਿ ਜਗੁ ਉਪਜੈ ਪੁਰਖਾ ਨਾਮਿ ਵਿਸਰਿਐ ਦੁਖੁ ਪਾਈ ॥ ਗੁਰਮੁਖਿ ਹੋਵੈ ਸੁ ਗਿਆਨੁ ਤਤੁ ਬੀਚਾਰੈ ਹਉਮੈ ਸਬਦਿ ਜਲਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਾਚੈ ਰਹੈ ਸਮਾਏ ॥ ਨਾਮੇ ਨਾਮਿ ਰਹੈ ਬੈਰਾਗੀ ਸਾਚੁ ਰਖਿਆ ਉਰਿ ਧਾਰੇ ॥ ਨਾਨਕ ਬਿਨੁ ਨਾਵੈ ਜੋਗੁ ਕਦੇ ਨ ਹੋਵੈ ਦੇਖਹੁ ਰਿਦੈ ਬੀਚਾਰੇ ॥੬੮॥ ਗੁਰਮੁਖਿ ਸਾਚੁ ਸਬਦੁ ਬੀਚਾਰੈ ਕੋਇ ॥ ਗੁਰਮੁਖਿ ਸਚੁ ਬਾਣੀ ਪਰਗਟੁ ਹੋਇ ॥ ਗੁਰਮੁਖਿ ਮਨੁ ਭੀਜੈ ਵਿਰਲਾ ਬੂਝੈ ਕੋਇ ॥ ਗੁਰਮੁਖਿ ਨਿਜ ਘਰਿ ਵਾਸਾ ਹੋਇ ॥ ਗੁਰਮੁਖਿ ਜੋਗੀ ਜੁਗਤਿ ਪਛਾਣੈ ॥ ਗੁਰਮੁਖਿ ਨਾਨਕ ਏਕੋ ਜਾਣੈ ॥੬੯॥ ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ ॥ ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ ਜਾਇ ॥ ਬਿਨੁ ਸਤਿਗੁਰ ਭੇਟੇ ਮਹਾ ਦੁਖੁ ਪਾਇ ॥ ਬਿਨੁ ਸਤਿਗੁਰ ਭੇਟੇ ਮਹਾ ਗਰਬਿ ਗੁਬਾਰਿ ॥ ਨਾਨਕ ਬਿਨੁ ਗੁਰ ਮੁਆ ਜਨਮੁ ਹਾਰਿ ॥੭੦॥ ਗੁਰਮੁਖਿ ਮਨੁ ਜੀਤਾ ਹਉਮੈ ਮਾਰਿ ॥ ਗੁਰਮੁਖਿ ਸਾਚੁ ਰਖਿਆ ਉਰ ਧਾਰਿ ॥ ਗੁਰਮੁਖਿ ਜਗੁ ਜੀਤਾ ਜਮਕਾਲੁ ਮਾਰਿ ਬਿਦਾਰਿ ॥ ਗੁਰਮੁਖਿ ਦਰਗਹ ਨ ਆਵੈ ਹਾਰਿ ॥ ਗੁਰਮੁਖਿ ਮੇਲਿ ਮਿਲਾਏ ਸੁੋ ਜਾਣੈ ॥ ਨਾਨਕ ਗੁਰਮੁਖਿ ਸਬਦਿ ਪਛਾਣੈ ॥੭੧॥ ਸਬਦੈ ਕਾ ਨਿਬੇੜਾ ਸੁਣਿ ਤੂ ਅਉਧੂ ਬਿਨੁ ਨਾਵੈ ਜੋਗੁ ਨ ਹੋਈ ॥ ਨਾਮੇ ਰਾਤੇ ਅਨਦਿਨੁ ਮਾਤੇ ਨਾਮੈ ਤੇ ਸੁਖੁ ਹੋਈ ॥ ਨਾਮੈ ਹੀ ਤੇ ਸਭੁ ਪਰਗਟੁ ਹੋਵੈ ਨਾਮੇ ਸੋਝੀ ਪਾਈ ॥ ਬਿਨੁ ਨਾਵੈ ਭੇਖ ਕਰਹਿ ਬਹੁਤੇਰੇ ਸਚੈ ਆਪਿ ਖੁਆਈ ॥ ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ ॥ ਕਰਿ ਬੀਚਾਰੁ ਮਨਿ ਦੇਖਹੁ ਨਾਨਕ ਬਿਨੁ ਨਾਵੈ ਮੁਕਤਿ ਨ ਹੋਈ ॥੭੨॥ ਤੇਰੀ ਗਤਿ ਮਿਤਿ ਤੂਹੈ ਜਾਣਹਿ ਕਿਆ ਕੋ ਆਖਿ ਵਖਾਣੈ ॥ ਤੂ ਆਪੇ ਗੁਪਤਾ ਆਪੇ ਪਰਗਟੁ ਆਪੇ ਸਭਿ ਰੰਗ ਮਾਣੈ ॥ ਸਾਧਿਕ ਸਿਧ ਗੁਰੂ ਬਹੁ ਚੇਲੇ ਖੋਜਤ ਫਿਰਹਿ

ਫੁਰਮਾਣੈ ॥ ਮਾਗਹਿ ਨਾਮੁ ਪਾਇ ਇਹ ਭਿਖਿਆ ਤੇਰੇ ਦਰਸਨ ਕਉ ਕੁਰਬਾਣੈ ॥ ਅਬਿਨਾਸੀ ਪ੍ਰਭਿ ਖੇਲੁ ਰਚਾਇਆ ਗੁਰਮੁਖਿ ਸੋਝੀ ਹੋਈ ॥ ਨਾਨਕ ਸਭਿ ਜੁਗ ਆਪੇ ਵਰਤੈ ਦੂਜਾ ਅਵਰੁ ਨ ਕੋਈ ॥੨੩॥੧॥

ਰਾਮਕਲੀ ਕੀ ਵਾਰ ਮਹਲਾ ੩ ॥ ਜੋਧੈ ਵੀਰੈ ਪੂਰਬਾਣੀ ਕੀ ਧੁਨੀ

ਅੰਗ 947 ਤੋਂ ਰਾਮਕਲੀ ਕੀ ਵਾਰ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 956 ਤੱਕ ਹੈ। ਇਸ ਵਾਰ ਵਿਚ ਪਹਿਲੇ ਪਾਤਸ਼ਾਹ, ਦੂਜੇ ਪਾਤਸ਼ਾਹ, ਅਤੇ ਤੀਜੇ ਪਾਤਸ਼ਾਹ ਦੇ ਸਲੋਕ ਹਨ।

ੴ ਸਤਿਗੁਰ ਪ੍ਰਸਾਦਿ ॥

ਰਾਮਕਲੀ ਕੀ ਵਾਰ ਮਹਲਾ ੩ ॥ ਜੋਧੈ ਵੀਰੈ ਪੂਰਬਾਣੀ ਕੀ ਧੁਨੀ ॥

ਸਲੋਕੁ ਮਃ ੩ ॥ --

ਸਲੋਕੁ ਮਃ ੧ ॥ ਸਤੀ ਪਾਪੁ ਕਰਿ ਸਤੁ ਕਮਾਹਿ ॥ ਗੁਰ ਦੀਖਿਆ ਘਰਿ ਦੇਵਣ ਜਾਹਿ ॥ ਇਸਤਰੀ ਪੁਰਖੈ ਖਟਿਐ ਭਾਉ ॥ ਭਾਵੈ ਆਵਉ ਭਾਵੈ ਜਾਉ ॥ ਸਾਸਤੁ ਬੇਦੁ ਨ ਮਾਨੈ ਕੋਇ ॥ ਆਪੋ ਆਪੈ ਪੂਜਾ ਹੋਇ ॥ ਕਾਜੀ ਹੋਇ ਕੈ ਬਹੈ ਨਿਆਇ ॥ ਫੇਰੇ ਤਸਬੀ ਕਰੇ ਖੁਦਾਇ ॥ ਵਢੀ ਲੈ ਕੈ ਹਕੁ ਗਵਾਏ ॥ ਜੇ ਕੋ ਪੁਛੈ ਤਾ ਪੜਿ ਸੁਣਾਏ ॥ ਤੁਰਕ ਮੰਤ੍ਰੁ ਕਨਿ ਰਿਦੈ ਸਮਾਹਿ ॥ ਲੋਕ ਮੁਹਾਵਹਿ ਚਾੜੀ

ਖਾਹਿ ॥ ਚਉਕਾ ਦੇ ਕੈ ਸੁਚਾ ਹੋਇ ॥ ਐਸਾ ਹਿੰਦੂ ਵੇਖਹੁ ਕੋਇ ॥ ਜੋਗੀ ਗਿਰਹੀ ਜਟਾ ਬਿਭੂਤ ॥ ਆਗੈ ਪਾਛੈ ਰੋਵਹਿ ਪੂਤ ॥ ਜੋਗੁ ਨ ਪਾਇਆ ਜੁਗਤਿ ਗਵਾਈ ॥ ਕਿਤੁ ਕਾਰਣਿ ਸਿਰਿ ਛਾਈ ਪਾਈ ॥ ਨਾਨਕ ਕਲਿ ਕਾ ਏਹੁ ਪਰਵਾਣੁ ॥ ਆਪੇ ਆਖਣੁ ਆਪੇ ਜਾਣੁ ॥੧॥ ਮਃ ੧ ॥ ਹਿੰਦੂ ਕੈ ਘਰਿ ਹਿੰਦੂ ਆਵੈ ॥ ਸੂਤੁ ਜਨੇਊ ਪੜਿ ਗਲਿ ਪਾਵੈ ॥ ਸੂਤੁ ਪਾਇ ਕਰੇ ਬੁਰਿਆਈ ॥ ਨਾਤਾ ਧੋਤਾ ਥਾਇ ਨ ਪਾਈ ॥ ਮੁਸਲਮਾਨੁ ਕਰੇ ਵਡਿਆਈ ॥ ਵਿਣੁ ਗੁਰ ਪੀਰੈ ਕੋ ਥਾਇ ਨ ਪਾਈ ॥ ਰਾਹੁ ਦਸਾਇ ਓਥੈ ਕੋ ਜਾਇ ॥ ਕਰਣੀ ਬਾਝਹੁ ਭਿਸਤਿ ਨ ਪਾਇ ॥ ਜੋਗੀ ਕੈ ਘਰਿ ਜੁਗਤਿ ਦਸਾਈ ॥ ਤਿਤੁ ਕਾਰਣਿ ਕਨਿ ਮੁੰਦ੍ਰਾ ਪਾਈ ॥ ਮੁੰਦ੍ਰਾ ਪਾਇ ਫਿਰੈ ਸੰਸਾਰਿ ॥ ਜਿਥੈ ਕਿਥੈ ਸਿਰਜਣਹਾਰੁ ॥ ਜੇਤੇ ਜੀਅ ਤੇਤੇ ਵਾਟਾਊ ॥ ਚੀਰੀ ਆਈ ਢਿਲ ਨ ਕਾਊ ॥ ਏਥੈ ਜਾਣੈ ਸੁ ਜਾਇ ਸਿਞਾਣੈ ॥ ਹੋਰੁ ਫਕੜੁ ਹਿੰਦੂ ਮੁਸਲਮਾਣੈ ॥ ਸਭਨਾ ਕਾ ਦਰਿ ਲੇਖਾ ਹੋਇ ॥ ਕਰਣੀ ਬਾਝਹੁ ਤਰੈ ਨ ਕੋਇ ॥ ਸਚੋ ਸਚੁ ਵਖਾਣੈ ਕੋਇ ॥ ਨਾਨਕ ਅਗੈ ਪੁਛ ਨ ਹੋਇ ॥੨॥ ਪਉੜੀ ॥ ਹਰਿ ਕਾ ਮੰਦਰੁ ਆਖੀਐ ਕਾਇਆ ਕੋਟੁ ਗੜੁ ॥ ਅੰਦਰਿ ਲਾਲ ਜਵੇਹਰੀ ਗੁਰਮੁਖਿ ਹਰਿ ਨਾਮੁ ਪੜੁ ॥ ਹਰਿ ਕਾ ਮੰਦਰੁ ਸਰੀਰੁ ਅਤਿ ਸੋਹਣਾ ਹਰਿ ਹਰਿ ਨਾਮੁ ਦਿੜੁ ॥ ਮਨਮੁਖ ਆਪਿ ਖੁਆਇਅਨੁ ਮਾਇਆ ਮੋਹ ਨਿਤ ਕੜੁ ॥ ਸਭਨਾ ਸਾਹਿਬੁ ਏਕੁ ਹੈ ਪੂਰੈ ਭਾਗਿ ਪਾਇਆ ਜਾਈ ॥੧੧॥ ਸਲੋਕ ਮਃ ੧ ॥ ਨਾ ਸਤਿ ਦੁਖੀਆ ਨਾ ਸਤਿ ਸੁਖੀਆ ਨਾ ਸਤਿ ਪਾਣੀ ਜੰਤ ਫਿਰਹਿ ॥ ਨਾ ਸਤਿ ਮੂੰਡ ਮੁਡਾਈ ਕੇਸੀ ਨਾ ਸਤਿ ਪੜਿਆ ਦੇਸ ਫਿਰਹਿ ॥ ਨਾ ਸਤਿ ਰੁਖੀ ਬਿਰਖੀ ਪਥਰ ਆਪੁ ਤਛਾਵਹਿ ਦੁਖ ਸਹਹਿ ॥ ਨਾ ਸਤਿ ਹਸਤੀ ਬਧੇ ਸੰਗਲ ਨਾ ਸਤਿ ਗਾਈ ਘਾਹੁ ਚਰਹਿ ॥ ਜਿਸੁ ਹਥਿ ਸਿਧਿ ਦੇਵੈ ਜੇ ਸੋਈ ਜਿਸ ਨੋ ਦੇਇ ਤਿਸੁ ਆਇ ਮਿਲੈ ॥ ਨਾਨਕ ਤਾ ਕਉ ਮਿਲੈ ਵਡਾਈ ਜਿਸੁ ਘਟ ਭੀਤਰਿ ਸਬਦੁ ਰਵੈ ॥ ਸਭਿ ਘਟ ਮੇਰੇ ਹਉ ਸਭਨਾ ਅੰਦਰਿ ਜਿਸਹਿ ਖੁਆਈ ਤਿਸੁ ਕਉਣੁ ਕਹੈ ॥ ਜਿਸਹਿ ਦਿਖਾਲਾ ਵਾਟੜੀ ਤਿਸਹਿ ਭੁਲਾਵੈ ਕਉਣੁ ॥ ਜਿਸਹਿ ਭੁਲਾਈ ਪੰਧ ਸਿਰਿ ਤਿਸਹਿ ਦਿਖਾਵੈ ਕਉਣੁ ॥੧॥ ਮਃ ੧ ॥ ਸੋ ਗਿਰਹੀ ਜੋ ਨਿਗ੍ਰਹੁ ਕਰੈ ॥ ਜਪੁ ਤਪੁ ਸੰਜਮੁ ਭੀਖਿਆ ਕਰੈ ॥ ਪੁੰਨ ਦਾਨ ਕਾ ਕਰੇ ਸਰੀਰੁ ॥ ਸੋ ਗਿਰਹੀ ਗੰਗਾ ਕਾ ਨੀਰੁ ॥ ਬੋਲੈ ਈਸਰੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੨॥ ਮਃ ੧ ॥ ਸੋ ਅਉਧੂਤੀ ਜੋ ਧੂਪੈ ਆਪੁ ॥

ਭਿਖਿਆ ਭੋਜਨੁ ਕਰੈ ਸੰਤਾਪੁ ॥ ਅਉਹਠ ਪਟਣ ਮਹਿ ਭੀਖਿਆ ਕਰੈ ॥ ਸੋ ਅਉਧੂਤੀ ਸਿਵ ਪੁਰਿ ਚੜੈ ॥ ਬੋਲੈ ਗੋਰਖੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੩॥ ਮਃ ੧ ॥ ਸੋ ਉਦਾਸੀ ਜਿ ਪਾਲੇ ਉਦਾਸੁ ॥ ਅਰਧ ਉਰਧ ਕਰੇ ਨਿਰੰਜਨ ਵਾਸੁ ॥ ਚੰਦ ਸੂਰਜ ਕੀ ਪਾਏ ਗੰਢਿ ॥ ਤਿਸੁ ਉਦਾਸੀ ਕਾ ਪੜੈ ਨ ਕੰਧੁ ॥ ਬੋਲੈ ਗੋਪੀ ਚੰਦੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੪॥ ਮਃ ੧ ॥ ਸੋ ਪਾਖੰਡੀ ਜਿ ਕਾਇਆ ਪਖਾਲੇ ॥ ਕਾਇਆ ਕੀ ਅਗਨਿ ਬ੍ਰਹਮੁ ਪਰਜਾਲੇ ॥ ਸੁਪਨੈ ਬਿੰਦੁ ਨ ਦੇਈ ਝਰਣਾ ॥ ਤਿਸੁ ਪਾਖੰਡੀ ਜਰਾ ਨ ਮਰਣਾ ॥ ਬੋਲੈ ਚਰਪਟੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੫॥ ਮਃ ੧ ॥ ਸੋ ਬੈਰਾਗੀ ਜਿ ਉਲਟੇ ਬ੍ਰਹਮੁ ॥ ਗਗਨ ਮੰਡਲ ਮਹਿ ਰੋਪੈ ਥੰਮੁ ॥ ਅਹਿਨਿਸਿ ਅੰਤਰਿ ਰਹੈ ਧਿਆਨਿ ॥ ਤੇ ਬੈਰਾਗੀ ਸਤ ਸਮਾਨਿ ॥ ਬੋਲੈ ਭਰਥਰਿ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੬॥ ਮਃ ੧ ॥ ਕਿਉ ਮਰੈ ਮੰਦਾ ਕਿਉ ਜੀਵੈ ਜੁਗਤਿ ॥ ਕੰਨ ਪੜਾਇ ਕਿਆ ਖਾਜੈ ਭੁਗਤਿ ॥ ਆਸਤਿ ਨਾਸਤਿ ਏਕੋ ਨਾਉ ॥ ਕਉਣੁ ਸੁ ਅਖਰੁ ਜਿਤੁ ਰਹੈ ਹਿਆਉ ॥ ਧੂਪ ਛਾਵ ਜੇ ਸਮ ਕਰਿ ਸਹੈ ॥ ਤਾ ਨਾਨਕੁ ਆਖੈ ਗੁਰੁ ਕੋ ਕਹੈ ॥ ਛਿਅ ਵਰਤਾਰੇ ਵਰਤਹਿ ਪੂਤ ॥ ਨਾ ਸੰਸਾਰੀ ਨਾ ਅਉਧੂਤ ॥ ਨਿਰੰਕਾਰਿ ਜੋ ਰਹੈ ਸਮਾਇ ॥ ਕਾਹੇ ਭੀਖਿਆ ਮੰਗਣਿ ਜਾਇ ॥੭॥ ਪਉੜੀ ॥ ਹਰਿ ਮੰਦਰੁ ਸੋਈ ਆਖੀਐ ਜਿਥਹੁ ਹਰਿ ਜਾਤਾ ॥ ਮਾਨਸ ਦੇਹ ਗੁਰ ਬਚਨੀ ਪਾਇਆ ਸਭੁ ਆਤਮ ਰਾਮੁ ਪਛਾਤਾ ॥ ਬਾਹਰਿ ਮੂਲਿ ਨ ਖੋਜੀਐ ਘਰ ਮਾਹਿ ਬਿਧਾਤਾ ॥ ਮਨਮੁਖ ਹਰਿ ਮੰਦਰ ਕੀ ਸਾਰ ਨ ਜਾਣਨੀ ਤਿਨੀ ਜਨਮੁ ਗਵਾਤਾ ॥ ਸਭ ਮਹਿ ਇਕੁ ਵਰਤਦਾ ਗੁਰ ਸਬਦੀ ਪਾਇਆ ਜਾਈ ॥੧੨॥

ਸਲੋਕ ਮਃ ੩ ॥ --

ਮਃ ੧ ॥ ਨਾਨਕੁ ਆਖੈ ਰੇ ਮਨਾ ਸੁਣੀਐ ਸਿਖ ਸਹੀ ॥ ਲੇਖਾ ਰਬੁ ਮੰਗੇਸੀਆ ਬੈਠਾ ਕਢਿ ਵਹੀ ॥ ਤਲਬਾ ਪਉਸਨਿ ਆਕੀਆ ਬਾਕੀ ਜਿਨਾ ਰਹੀ ॥ ਅਜਰਾਈਲੁ ਫਰੇਸਤਾ ਹੋਸੀ ਆਇ ਤਈ ॥ ਆਵਣੁ ਜਾਣੁ ਨ ਸੁਝਈ ਭੀੜੀ ਗਲੀ ਫਹੀ ॥ ਕੂੜ ਨਿਖੁਟੇ ਨਾਨਕਾ

ਓੜਕਿ ਸਚਿ ਰਹੀ ॥੨॥ ਪਉੜੀ ॥ ਹਰਿ ਕਾ ਸਭੁ ਸਰੀਰੁ ਹੈ ਹਰਿ ਰਵਿ ਰਹਿਆ ਸਭੁ ਆਪੈ ॥ ਹਰਿ ਕੀ ਕੀਮਤਿ ਨ ਪਵੈ ਕਿਛੁ ਕਹਣੁ ਨ ਜਾਪੈ ॥ ਗੁਰ ਪਰਸਾਦੀ ਸਾਲਾਹੀਐ ਹਰਿ ਭਗਤੀ ਰਾਪੈ ॥ ਸਭੁ ਮਨੁ ਤਨੁ ਹਰਿਆ ਹੋਇਆ ਅਹੰਕਾਰੁ ਗਵਾਪੈ ॥ ਸਭੁ ਕਿਛੁ ਹਰਿ ਕਾ ਖੇਲੁ ਹੈ ਗੁਰਮੁਖਿ ਕਿਸੈ ਬੁਝਾਈ ॥੧੩॥ ਸਲੋਕੁ ਮਃ ੧ ॥ ਸਹੰਸਰ ਦਾਨ ਦੇ ਇੰਦ੍ਰੁ ਰੋਆਇਆ ॥ ਪਰਸ ਰਾਮੁ ਰੋਵੈ ਘਰਿ ਆਇਆ ॥ ਅਜੈ ਸੁ ਰੋਵੈ ਭੀਖਿਆ ਖਾਇ ॥ ਐਸੀ ਦਰਗਹ ਮਿਲੈ ਸਜਾਇ ॥ ਰੋਵੈ ਰਾਮੁ ਨਿਕਾਲਾ ਭਇਆ ॥ ਸੀਤਾ ਲਖਮਣੁ ਵਿਛੁੜਿ ਗਇਆ ॥ ਰੋਵੈ ਦਹਸਿਰੁ ਲੰਕ ਗਵਾਇ ॥ ਜਿਨਿ ਸੀਤਾ ਆਦੀ ਡਉਰੂ ਵਾਇ ॥ ਰੋਵਹਿ ਪਾਂਡਹ ਭਏ ਮਜੂਰ ॥ ਜਿਨ ਕੈ ਸੁਆਮੀ ਰਹਤ ਹਦੂਰਿ ॥ ਰੋਵੈ ਜਨਮੇਜਾ ਖੁਇ ਗਇਆ ॥ ਏਕੀ ਕਾਰਣਿ ਪਾਪੀ ਭਇਆ ॥ ਰੋਵਹਿ ਸੇਖ ਮਸਾਇਕ ਪੀਰ ॥ ਅੰਤਿ ਕਾਲਿ ਮਤੁ ਲਾਗੈ ਭੀੜ ॥ ਰੋਵਹਿ ਰਾਜੇ ਕੰਨ ਪੜਾਇ ॥ ਘਰਿ ਘਰਿ ਮਾਗਹਿ ਭੀਖਿਆ ਜਾਇ ॥ ਰੋਵਹਿ ਕਿਰਪਨ ਸੰਚਹਿ ਧਨੁ ਜਾਇ ॥ ਪੰਡਿਤ ਰੋਵਹਿ ਗਿਆਨੁ ਗਵਾਇ ॥ ਬਾਲੀ ਰੋਵੈ ਨਾਹਿ ਭਤਾਰੁ ॥ ਨਾਨਕ ਦੁਖੀਆ ਸਭੁ ਸੰਸਾਰੁ ॥ ਮੰਨੇ ਨਾਉ ਸੋਈ ਜਿਣਿ ਜਾਇ ॥ ਅਉਰੀ ਕਰਮ ਨ ਲੇਖੈ ਲਾਇ ॥੧॥

ਮਃ ੨ ॥---

ਸਲੋਕ ਮਃ ੧ ॥ ਸਾਵਣੁ ਰਾਤਿ ਅਹਾੜੁ ਦਿਹੁ ਕਾਮੁ ਕ੍ਰੋਧੁ ਦੁਇ ਖੇਤ ॥ ਲਬੁ ਵਤ੍ਰ ਦਰੋਗੁ ਬੀਉ ਹਾਲੀ ਰਾਹਕੁ ਹੇਤ ॥ ਹਲੁ ਬੀਚਾਰੁ ਵਿਕਾਰ ਮਣ ਹੁਕਮੀ ਖਟੇ ਖਾਇ ॥ ਨਾਨਕ ਲੇਖੈ ਮੰਗਿਐ ਅਉਤੁ ਜਣੇਦਾ ਜਾਇ ॥੧॥ ਮਃ ੧ ॥ ਭਉ ਭੁਇ ਪਵਿਤੁ ਪਾਣੀ ਸਤੁ ਸੰਤੋਖੁ ਬਲੇਦ ॥ ਹਲੁ ਹਲੇਮੀ ਹਾਲੀ ਚਿਤੁ ਚੇਤਾ ਵਤ੍ਰ ਵਖਤ ਸੰਜੋਗੁ ॥ ਨਾਉ ਬੀਜੁ ਬਖਸੀਸ ਬੋਹਲ ਦੁਨੀਆ ਸਗਲ ਦਰੋਗ ॥ ਨਾਨਕ ਨਦਰੀ ਕਰਮੁ ਹੋਇ ਜਾਵਹਿ ਸਗਲ ਵਿਜੋਗ ॥੨॥ ਪਉੜੀ ॥ ਮਨਮੁਖਿ ਮੋਹੁ ਗੁਬਾਰੁ ਹੈ ਦੂਜੈ ਭਾਇ ਬੋਲੈ ॥ ਦੂਜੈ ਭਾਇ ਸਦਾ ਦੁਖੁ

ਹੈ ਨਿਤ ਨੀਰੁ ਵਿਰੋਲੈ ॥ ਗੁਰਮੁਖਿ ਨਾਮੁ ਧਿਆਈਐ ਮਥਿ ਤਤੁ ਕਢੋਲੈ ॥ ਅੰਤਰਿ ਪਰਗਾਸੁ ਘਟਿ ਚਾਨਣਾ ਹਰਿ ਲਧਾ ਟੋਲੈ ॥ ਆਪੇ ਭਰਮਿ ਭੁਲਾਇਦਾ ਕਿਛੁ ਕਹਣੁ ਨ ਜਾਈ ॥੧੭॥

ਸਲੋਕ ਮਃ ੨ ॥--

ਮਃ ੧ ॥ ਨਾਨਕ ਇਹੁ ਜੀਉ ਮਛੁਲੀ ਝੀਵਰੁ ਤ੍ਰਿਸਨਾ ਕਾਲੁ ॥ ਮਨੂਆ ਅੰਧੁ ਨ ਚੇਤਈ ਪੜੈ ਅਚਿੰਤਾ ਜਾਲੁ ॥ ਨਾਨਕ ਚਿਤੁ ਅਚੇਤੁ ਹੈ ਚਿੰਤਾ ਬਧਾ ਜਾਇ ॥ ਨਦਰਿ ਕਰੇ ਜੇ ਆਪਣੀ ਤਾ ਆਪੇ ਲਏ ਮਿਲਾਇ ॥੨॥ ਪਉੜੀ ॥ ਸੇ ਜਨ ਸਾਚੇ ਸਦਾ ਸਦਾ ਜਿਨੀ ਹਰਿ ਰਸੁ ਪੀਤਾ ॥ ਗੁਰਮੁਖਿ ਸਚਾ ਮਨਿ ਵਸੈ ਸਚੁ ਸਉਦਾ ਕੀਤਾ ॥ ਸਭੁ ਕਿਛੁ ਘਰ ਹੀ ਮਾਹਿ ਹੈ ਵਡਭਾਗੀ ਲੀਤਾ ॥ ਅੰਤਰਿ ਤ੍ਰਿਸਨਾ ਮਰਿ ਗਈ ਹਰਿ ਗੁਣ ਗਾਵੀਤਾ ॥ ਆਪੇ ਮੇਲਿ ਮਿਲਾਇਅਨੁ ਆਪੇ ਦੇਇ ਬੁਝਾਈ ॥੧੮॥ ਸਲੋਕ ਮਃ ੧ ॥ ਵੇਲਿ ਪਿੰਞਾਇਆ ਕਤਿ ਵੁਣਾਇਆ ॥ ਕਟਿ ਕੁਟਿ ਕਰਿ ਖੁੰਬਿ ਚੜਾਇਆ ॥ ਲੋਹਾ ਵਢੇ ਦਰਜੀ ਪਾੜੇ ਸੂਈ ਧਾਗਾ ਸੀਵੈ ॥ ਇਉ ਪਤਿ ਪਾਟੀ ਸਿਫਤੀ ਸੀਪੈ ਨਾਨਕ ਜੀਵਤ ਜੀਵੈ ॥ ਹੋਇ ਪੁਰਾਣਾ ਕਪੜੁ ਪਾਟੈ ਸੂਈ ਧਾਗਾ ਗੰਢੈ ॥ ਮਾਹੁ ਪਖੁ ਕਿਹੁ ਚਲੈ ਨਾਹੀ ਘੜੀ ਮੁਹਤੁ ਕਿਛੁ ਹੰਢੈ ॥ ਸਚੁ ਪੁਰਾਣਾ ਹੋਵੈ ਨਾਹੀ ਸੀਤਾ ਕਦੇ ਨ ਪਾਟੈ ॥ ਨਾਨਕ ਸਾਹਿਬੁ ਸਚੋ ਸਚਾ ਤਿਚਰੁ ਜਾਪੀ ਜਾਪੈ ॥੧॥ ਮਃ ੧ ॥ ਸਚ ਕੀ ਕਾਤੀ ਸਚੁ ਸਭੁ ਸਾਰੁ ॥ ਘਾੜਤ ਤਿਸ ਕੀ ਅਪਰ ਅਪਾਰ ॥ ਸਬਦੇ ਸਾਣ ਰਖਾਈ ਲਾਇ ॥ ਗੁਣ ਕੀ ਥੇਕੈ ਵਿਚਿ ਸਮਾਇ ॥ ਤਿਸ ਕਾ ਕੁਠਾ ਹੋਵੈ ਸੇਖੁ ॥ ਲੋਹੂ ਲਬੁ ਨਿਕਥਾ ਵੇਖੁ ॥ ਹੋਇ ਹਲਾਲੁ ਲਗੈ ਹਕਿ ਜਾਇ ॥ ਨਾਨਕ ਦਰਿ ਦੀਦਾਰਿ ਸਮਾਇ ॥੨॥ ਮਃ ੧ ॥ ਕਮਰਿ ਕਟਾਰਾ ਬੰਕੁੜਾ ਬੰਕੇ ਕਾ ਅਸਵਾਰੁ ॥ ਗਰਬੁ ਨ ਕੀਜੈ ਨਾਨਕਾ ਮਤੁ ਸਿਰਿ ਆਵੈ ਭਾਰੁ ॥੩॥ ਪਉੜੀ ॥ ਸੋ ਸਤਸੰਗਤਿ ਸਬਦਿ ਮਿਲੈ ਜੋ ਗੁਰਮੁਖਿ ਚਲੈ ॥ ਸਚੁ ਧਿਆਇਨਿ ਸੇ ਸਚੇ ਜਿਨ ਹਰਿ ਖਰਚੁ ਧਨੁ ਪਲੈ ॥ ਭਗਤ ਸੋਹਨਿ ਗੁਣ ਗਾਵਦੇ ਗੁਰਮਤਿ ਅਚਲੈ ॥ ਰਤਨ ਬੀਚਾਰੁ ਮਨਿ ਵਸਿਆ ਗੁਰ ਕੈ ਸਬਦਿ ਭਲੈ ॥ ਆਪੇ ਮੇਲਿ ਮਿਲਾਇਦਾ ਆਪੇ ਦੇਇ ਵਡਿਆਈ ॥੧੯॥

ਸਲੋਕ ਮਃ ੩ ॥ --

ਸਲੋਕੁ ਮਃ ੧ ॥ ਸਰਵਰ ਹੰਸ ਧੁਰੇ ਹੀ ਮੇਲਾ ਖਸਮੈ ਏਵੈ ਭਾਣਾ ॥ ਸਰਵਰ ਅੰਦਰਿ ਹੀਰਾ ਮੋਤੀ ਸੋ ਹੰਸਾ ਕਾ ਖਾਣਾ ॥ ਬਗੁਲਾ ਕਾਗੁ ਨ ਰਹਈ ਸਰਵਰਿ ਜੇ ਹੋਵੈ ਅਤਿ ਸਿਆਣਾ ॥ ਓਨਾ ਰਿਜਕੁ ਨ ਪਇਓ ਓਥੈ ਓਨ੍ਹਾ ਹੋਰੋ ਖਾਣਾ ॥ ਸਚਿ ਕਮਾਣੈ ਸਚੋ ਪਾਈਐ ਕੂੜੈ ਕੂੜਾ ਮਾਣਾ ॥ ਨਾਨਕ ਤਿਨ ਕੌ ਸਤਿਗੁਰੁ ਮਿਲਿਆ ਜਿਨਾ ਧੁਰੇ ਪੈਯਾ ਪਰਵਾਣਾ ॥੧॥ ਮਃ ੧ ॥ ਸਾਹਿਬੁ ਮੇਰਾ ਉਜਲਾ ਜੇ ਕੋ ਚਿਤਿ ਕਰੇਇ ॥ ਨਾਨਕ ਸੋਈ ਸੇਵੀਐ ਸਦਾ ਸਦਾ ਜੋ ਦੇਇ ॥ ਨਾਨਕ ਸੋਈ ਸੇਵੀਐ ਜਿਤੁ ਸੇਵਿਐ ਦੁਖੁ ਜਾਇ ॥ ਅਵਗੁਣ ਵੰਞਨਿ ਗੁਣ ਰਵਹਿ ਮਨਿ ਸੁਖੁ ਵਸੈ ਆਇ ॥੨॥ ਪਉੜੀ ॥ ਆਪੇ ਆਪਿ ਵਰਤਦਾ ਆਪਿ ਤਾੜੀ ਲਾਈਅਨੁ ॥ ਆਪੇ ਹੀ ਉਪਦੇਸਦਾ ਗੁਰਮੁਖਿ ਪਤੀਆਈਅਨੁ ॥ ਇਕਿ ਆਪੇ ਉਝੜਿ ਪਾਇਅਨੁ ਇਕਿ ਭਗਤੀ ਲਾਇਅਨੁ ॥ ਜਿਸੁ ਆਪਿ ਬੁਝਾਏ ਸੋ ਬੁਝਸੀ ਆਪੇ ਨਾਇ ਲਾਇਅਨੁ ॥ ਨਾਨਕ ਨਾਮੁ ਧਿਆਈਐ ਸਚੀ ਵਡਿਆਈ ॥੨੧॥੧॥ ਸੁਧੁ ॥

ਅੰਗ 957 ਤੋਂ ਰਾਮਕਲੀ ਕੀ ਵਾਰ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 966 ਤੱਕ ਹੈ।

ਅੰਗ 966 ਤੋਂ ਰਾਮਕਲੀ ਕੀ ਵਾਰ ਰਾਇ ਬਲਵੰਡਿ ਤਥਾ ਸਤੈ ਡੂਮਿ ਆਖੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 968 ਤੱਕ ਹੈ।

ਅੰਗ 968 ਤੋਂ ਰਾਮਕਲੀ ਬਾਣੀ ਭਗਤਾ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 974 ਤੱਕ ਹੈ। ਇਸ ਬਾਣੀ ਵਿਚ ਬਾਣੀ ਕਬੀਰ ਜੀ ਕੀ, ਬਾਣੀ ਨਾਮਦੇਉ ਜੀਉ ਕੀ, ਬਾਣੀ ਰਵਿਦਾਸ ਜੀ ਕੀ ਅਤੇ ਭਗਤ ਬੇਣੀ ਜੀਉ ਕੀ ਬਾਣੀ ਦਰਜ ਹੈ।

ਅੰਗ 975 ਤੋਂ ਰਾਗੁ ਨਟ ਨਾਰਾਇਨ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 978 ਤੱਕ ਹੈ।

ਅੰਗ 978 ਤੋਂ ਰਾਗੁ ਨਟ ਨਾਰਾਇਨ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਨਟ ਪੜਤਾਲ ਮਹਲਾ ੫ ਬਾਣੀ ਅੰਗ 980 ਤੱਕ ਹੈ।

ਅੰਗ 980 ਤੋਂ ਨਟ ਅਸਟਪਦੀਆ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 983 ਤੱਕ ਹੈ।

ਅੰਗ 984 ਤੋਂ ਰਾਗੁ ਮਾਲੀ ਗਉੜਾ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 986 ਤੱਕ ਹੈ।

ਅੰਗ 986 ਤੋਂ ਮਾਲੀ ਗਉੜਾ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 988 ਤੱਕ ਹੈ।

ਅੰਗ 988 'ਤੇ ਮਾਲੀ ਗਉੜਾ ਬਾਣੀ ਭਗਤ ਨਾਮਦੇਵ ਜੀ ਕੀ ਦਰਜ ਹੈ।

ਰਾਗੁ ਮਾਰੂ ਮਹਲਾ ੧

ਅੰਗ 989 ਤੋਂ ਰਾਗੁ ਮਾਰੂ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 993 ਤੱਕ ਹੈ।

ਰਾਗੁ ਮਾਰੂ ਮਹਲਾ ੧ ਘਰੁ ੧ ਚਉਪਦੇ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਸਲੋਕੁ ॥ ਸਾਜਨ ਤੇਰੇ ਚਰਨ ਕੀ ਹੋਇ ਰਹਾ ਸਦ ਧੂਰਿ ॥ ਨਾਨਕ ਸਰਣਿ ਤੁਹਾਰੀਆ ਪੇਖਉ ਸਦਾ ਹਜੂਰਿ ॥੧॥ ਸਬਦ ॥ ਪਿਛਹੁ ਰਾਤੀ ਸਦੜਾ ਨਾਮੁ ਖਸਮ ਕਾ ਲੇਹਿ ॥ ਖੇਮੇ ਛਤ੍ਰ ਸਰਾਇਚੇ ਦਿਸਨਿ ਰਥ ਪੀੜੇ ॥ ਜਿਨੀ ਤੇਰਾ ਨਾਮੁ ਧਿਆਇਆ ਤਿਨ ਕਉ ਸਦਿ ਮਿਲੇ ॥੧॥ ਬਾਬਾ ਮੈ ਕਰਮਹੀਣ ਕੂੜਿਆਰ ॥ ਨਾਮੁ ਨ ਪਾਇਆ ਤੇਰਾ ਅੰਧਾ ਭਰਮਿ ਭੂਲਾ ਮਨੁ ਮੇਰਾ ॥੧॥ ਰਹਾਉ ॥ ਸਾਦ ਕੀਤੇ ਦੁਖ ਪਰਫੁੜੇ ਪੂਰਬਿ ਲਿਖੇ ਮਾਇ ॥ ਸੁਖ ਥੋੜੇ ਦੁਖ ਅਗਲੇ ਦੂਖੇ ਦੂਖਿ ਵਿਹਾਇ ॥੨॥ ਵਿਛੁੜਿਆ ਕਾ ਕਿਆ ਵੀਛੁੜੈ ਮਿਲਿਆ ਕਾ ਕਿਆ ਮੇਲੁ ॥ ਸਾਹਿਬੁ ਸੋ ਸਾਲਾਹੀਐ ਜਿਨਿ ਕਰਿ ਦੇਖਿਆ ਖੇਲੁ ॥੩॥ ਸੰਜੋਗੀ ਮੇਲਾਵੜਾ ਇਨਿ ਤਨਿ ਕੀਤੇ ਭੋਗ ॥ ਵਿਜੋਗੀ ਮਿਲਿ ਵਿਛੁੜੇ ਨਾਨਕ ਭੀ ਸੰਜੋਗ ॥੪॥੧॥ ਮਾਰੂ ਮਹਲਾ ੧ ॥ ਮਿਲਿ ਮਾਤ ਪਿਤਾ ਪਿੰਡੁ ਕਮਾਇਆ ॥ ਤਿਨਿ ਕਰਤੈ ਲੇਖੁ ਲਿਖਾਇਆ

॥ ਲਿਖੁ ਦਾਤਿ ਜੋਤਿ ਵਡਿਆਈ ॥ ਮਿਲਿ ਮਾਇਆ ਸੁਰਤਿ ਗਵਾਈ ॥੧॥ ਮੂਰਖ ਮਨ ਕਾਹੇ ਕਰਸਹਿ ਮਾਣਾ ॥ ਉਠਿ ਚਲਣਾ ਖਸਮੈ ਭਾਣਾ ॥੧॥ ਰਹਾਉ ॥ ਤਜਿ ਸਾਦ ਸਹਜ ਸੁਖੁ ਹੋਈ ॥ ਘਰ ਛਡਣੇ ਰਹੈ ਨ ਕੋਈ ॥ ਕਿਛੁ ਖਾਜੈ ਕਿਛੁ ਧਰਿ ਜਾਈਐ ॥ ਜੇ ਬਾਹੁੜਿ ਦੁਨੀਆ ਆਈਐ ॥੨॥ ਸਜੁ ਕਾਇਆ ਪਟੁ ਹਢਾਏ ॥ ਫੁਰਮਾਇਸਿ ਬਹੁਤੁ ਚਲਾਏ ॥ ਕਰਿ ਸੇਜ ਸੁਖਾਲੀ ਸੋਵੈ ॥ ਹਥੀ ਪਉਦੀ ਕਾਹੇ ਰੋਵੈ ॥੩॥ ਘਰ ਘੁੰਮਣਵਾਣੀ ਭਾਈ ॥ ਪਾਪ ਪਥਰ ਤਰਣੁ ਨ ਜਾਈ ॥ ਭਉ ਬੇੜਾ ਜੀਉ ਚੜਾਉ ॥ ਕਹੁ ਨਾਨਕ ਦੇਵੈ ਕਾਹੂ ॥੪॥੨॥ ਮਾਰੂ ਮਹਲਾ ੧ ਘਰੁ ੧ ॥ ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ ॥ ਜਿਉ ਜਿਉ ਕਿਰਤੁ ਚਲਾਏ ਤਿਉ ਚਲੀਐ ਤਉ ਗੁਣ ਨਾਹੀ ਅੰਤੁ ਹਰੇ ॥੧॥ ਚਿਤ ਚੇਤਸਿ ਕੀ ਨਹੀ ਬਾਵਰਿਆ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਜਾਲੀ ਰੈਨਿ ਜਾਲੁ ਦਿਨੁ ਹੂਆ ਜੇਤੀ ਘੜੀ ਫਾਹੀ ਤੇਤੀ ॥ ਰਸਿ ਰਸਿ ਚੋਗ ਚੁਗਹਿ ਨਿਤ ਫਾਸਹਿ ਛੂਟਸਿ ਮੂੜੇ ਕਵਨ ਗੁਣੀ ॥੨॥ ਕਾਇਆ ਆਰਣੁ ਮਨੁ ਵਿਚਿ ਲੋਹਾ ਪੰਚ ਅਗਨਿ ਤਿਤੁ ਲਾਗਿ ਰਹੀ ॥ ਕੋਇਲੇ ਪਾਪ ਪੜੇ ਤਿਸੁ ਊਪਰਿ ਮਨੁ ਜਲਿਆ ਸੰਨ੍ਹੀ ਚਿੰਤ ਭਈ ॥੩॥ ਭਇਆ ਮਨੂਰੁ ਕੰਚਨੁ ਫਿਰਿ ਹੋਵੈ ਜੇ ਗੁਰੁ ਮਿਲੈ ਤਿਨੇਹਾ ॥ ਏਕੁ ਨਾਮੁ ਅੰਮ੍ਰਿਤੁ ਓਹੁ ਦੇਵੈ ਤਉ ਨਾਨਕ ਤ੍ਰਿਸਟਸਿ ਦੇਹਾ ॥੪॥੩॥

ਮਾਰੂ ਮਹਲਾ ੧ ॥ ਬਿਮਲ ਮਝਾਰਿ ਬਸਸਿ ਨਿਰਮਲ ਜਲ ਪਦਮਨਿ ਜਾਵਲ ਰੇ ॥ ਪਦਮਨਿ ਜਾਵਲ ਜਲ ਰਸ ਸੰਗਤਿ ਸੰਗਿ ਦੋਖ ਨਹੀ ਰੇ ॥੧॥ ਦਾਦਰ ਤੂ ਕਬਹਿ ਨ ਜਾਨਸਿ ਰੇ ॥ ਭਖਸਿ ਸਿਬਾਲੁ ਬਸਸਿ ਨਿਰਮਲ ਜਲ ਅੰਮ੍ਰਿਤੁ ਨ ਲਖਸਿ ਰੇ ॥੧॥ ਰਹਾਉ ॥ ਬਸੁ ਜਲ ਨਿਤ ਨ ਵਸਤ ਅਲੀਅਲ ਮੇਰ ਚਚਾ ਗੁਨ ਰੇ ॥ ਚੰਦ ਕੁਮੁਦਨੀ ਦੂਰਹੁ ਨਿਵਸਸਿ ਅਨਭਉ ਕਾਰਨਿ ਰੇ ॥੨॥ ਅੰਮ੍ਰਿਤ ਖੰਡੁ ਦੂਧਿ ਮਧੁ ਸੰਚਸਿ ਤੂ ਬਨ ਚਾਤੁਰ ਰੇ ॥ ਅਪਨਾ ਆਪੁ ਤੂ ਕਬਹੁ ਨ ਛੋਡਸਿ ਪਿਸਨ ਪ੍ਰੀਤਿ ਜਿਉ ਰੇ ॥੩॥ ਪੰਡਿਤ ਸੰਗਿ ਵਸਹਿ ਜਨ ਮੂਰਖ ਆਗਮ ਸਾਸ ਸੁਨੇ ॥ ਅਪਨਾ ਆਪੁ ਤੂ ਕਬਹੁ ਨ ਛੋਡਸਿ ਸੁਆਨ ਪੂਛਿ ਜਿਉ ਰੇ ॥੪॥ ਇਕਿ ਪਾਖੰਡੀ ਨਾਮਿ ਨ ਰਾਚਹਿ ਇਕ ਹਰਿ ਹਰਿ ਚਰਣੀ ਰੇ ॥ ਪੂਰਬਿ ਲਿਖਿਆ ਪਾਵਸਿ ਨਾਨਕ ਰਸਨਾ ਨਾਮੁ ਜਪਿ ਰੇ ॥੫॥੪॥ ਮਾਰੂ ਮਹਲਾ ੧ ॥ ਸਲੋਕੁ ॥

ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਨੀ ਮਨੁ ਲਾਗ ॥ ਅਠਸਠਿ ਤੀਰਥ ਨਾਮੁ ਪ੍ਰਭ ਨਾਨਕ ਜਿਸੁ ਮਸਤਕਿ ਭਾਗ ॥੧॥ ਸਬਦੁ ॥ ਸਖੀ ਸਹੇਲੀ ਗਰਬਿ ਗਹੇਲੀ ॥ ਸੁਣਿ ਸਹ ਕੀ ਇਕ ਬਾਤ ਸੁਹੇਲੀ ॥੧॥ ਜੋ ਮੈ ਬੇਦਨ ਸਾ ਕਿਸੁ ਆਖਾ ਮਾਈ ॥ ਹਰਿ ਬਿਨੁ ਜੀਉ ਨ ਰਹੈ ਕੈਸੇ ਰਾਖਾ ਮਾਈ ॥੧॥ ਰਹਾਉ ॥ ਹਉ ਦੋਹਾਗਣਿ ਖਰੀ ਰੰਞਾਣੀ ॥ ਗਇਆ ਸੁ ਜੋਬਨੁ ਧਨ ਪਛੁਤਾਣੀ ॥੨॥ ਤੂ ਦਾਨਾ ਸਾਹਿਬੁ ਸਿਰਿ ਮੇਰਾ ॥ ਖਿਜਮਤਿ ਕਰੀ ਜਨੁ ਬੰਦਾ ਤੇਰਾ ॥੩॥ ਭਣਤਿ ਨਾਨਕੁ ਅੰਦੇਸਾ ਏਹੀ ॥ ਬਿਨੁ ਦਰਸਨ ਕੈਸੇ ਰਵਉ ਸਨੇਹੀ ॥੪॥੫॥ ਮਾਰੂ ਮਹਲਾ ੧ ॥ ਮੁਲ ਖਰੀਦੀ ਲਾਲਾ ਗੋਲਾ ਮੇਰਾ ਨਾਉ ਸਭਾਗਾ ॥ ਗੁਰ ਕੀ ਬਚਨੀ ਹਾਟਿ ਬਿਕਾਨਾ ਜਿਤੁ ਲਾਇਆ ਤਿਤੁ ਲਾਗਾ ॥੧॥ ਤੇਰੇ ਲਾਲੇ ਕਿਆ ਚਤੁਰਾਈ ॥ ਸਾਹਿਬ ਕਾ ਹੁਕਮੁ ਨ ਕਰਣਾ ਜਾਈ ॥੧॥ ਰਹਾਉ ॥ ਮਾ ਲਾਲੀ ਪਿਉ ਲਾਲਾ ਮੇਰਾ ਹਉ ਲਾਲੇ ਕਾ ਜਾਇਆ ॥ ਲਾਲੀ ਨਾਚੈ ਲਾਲਾ ਗਾਵੈ ਭਗਤਿ ਕਰਉ ਤੇਰੀ ਰਾਇਆ ॥੨॥ ਪੀਅਹਿ ਤ ਪਾਣੀ ਆਣੀ ਮੀਰਾ ਖਾਹਿ ਤ ਪੀਸਣ ਜਾਉ ॥ ਪਖਾ ਫੇਰੀ ਪੈਰ ਮਲੋਵਾ ਜਪਤ ਰਹਾ ਤੇਰਾ ਨਾਉ ॥੩॥ ਲੂਣ ਹਰਾਮੀ ਨਾਨਕੁ ਲਾਲਾ ਬਖਸਿਹਿ ਤੁਧੁ ਵਡਿਆਈ ॥ ਆਦਿ ਜੁਗਾਦਿ ਦਇਆਪਤਿ ਦਾਤਾ ਤੁਧੁ ਵਿਣੁ ਮੁਕਤਿ ਨ ਪਾਈ ॥੪॥੬॥ ਮਾਰੂ ਮਹਲਾ ੧ ॥ ਕੋਈ ਆਖੈ ਭੂਤਨਾ ਕੋ ਕਹੈ ਬੇਤਾਲਾ ॥ ਕੋਈ ਆਖੈ ਆਦਮੀ ਨਾਨਕੁ ਵੇਚਾਰਾ ॥੧॥ ਭਇਆ ਦਿਵਾਨਾ ਸਾਹ ਕਾ ਨਾਨਕੁ ਬਉਰਾਨਾ ॥ ਹਉ ਹਰਿ ਬਿਨੁ ਅਵਰੁ ਨ ਜਾਨਾ ॥੧॥ ਰਹਾਉ ॥ ਤਉ ਦੇਵਾਨਾ ਜਾਣੀਐ ਜਾ ਭੈ ਦੇਵਾਨਾ ਹੋਇ ॥ ਏਕੀ ਸਾਹਿਬ ਬਾਹਰਾ ਦੂਜਾ ਅਵਰੁ ਨ ਜਾਣੈ ਕੋਇ ॥੨॥ ਤਉ ਦੇਵਾਨਾ ਜਾਣੀਐ ਜਾ ਏਕਾ ਕਾਰ ਕਮਾਇ ॥ ਹੁਕਮੁ ਪਛਾਣੈ ਖਸਮ ਕਾ ਦੂਜੀ ਅਵਰ ਸਿਆਣਪ ਕਾਇ ॥੩॥ ਤਉ ਦੇਵਾਨਾ ਜਾਣੀਐ ਜਾ ਸਾਹਿਬ ਧਰੇ ਪਿਆਰੁ ॥ ਮੰਦਾ ਜਾਣੈ ਆਪ ਕਉ ਅਵਰੁ ਭਲਾ ਸੰਸਾਰੁ ॥੪॥੭॥ ਮਾਰੂ ਮਹਲਾ ੧ ॥ ਇਹੁ ਧਨੁ ਸਰਬ ਰਹਿਆ ਭਰਪੂਰਿ ॥ ਮਨਮੁਖ ਫਿਰਹਿ ਸਿ ਜਾਣਹਿ ਦੂਰਿ ॥੧॥ ਸੋ ਧਨੁ ਵਖਰੁ ਨਾਮੁ ਰਿਦੈ ਹਮਾਰੈ ॥ ਜਿਸੁ ਤੂ ਦੇਹਿ ਤਿਸੈ ਨਿਸਤਾਰੈ ॥੧॥ ਰਹਾਉ ॥ ਨ ਇਹੁ ਧਨੁ ਜਲੈ ਨ ਤਸਕਰੁ ਲੈ ਜਾਇ ॥ ਨ ਇਹੁ ਧਨੁ ਡੂਬੈ ਨ ਇਸੁ ਧਨ ਕਉ ਮਿਲੈ ਸਜਾਇ ॥੨॥ ਇਸੁ ਧਨ

ਕੀ ਦੇਖਹੁ ਵਡਿਆਈ ॥ ਸਹਜੇ ਮਾਤੇ ਅਨਦਿਨੁ ਜਾਈ ॥੩॥ ਇਕ ਬਾਤ ਅਨੂਪ ਸੁਨਹੁ ਨਰ ਭਾਈ ॥ ਇਸੁ ਧਨ ਬਿਨੁ ਕਹਹੁ ਕਿਨੈ ਪਰਮ ਗਤਿ ਪਾਈ ॥੪॥ ਭਣਤਿ ਨਾਨਕੁ ਅਕਥ ਕੀ ਕਥਾ ਸੁਣਾਏ ॥ ਸਤਿਗੁਰੁ ਮਿਲੈ ਤ ਇਹੁ ਧਨੁ ਪਾਏ ॥੫॥੮॥

ਮਾਰੂ ਮਹਲਾ ੧ ॥ ਸੂਰ ਸਰੁ ਸੋਸਿ ਲੈ ਸੋਮ ਸਰੁ ਪੋਖਿ ਲੈ ਜੁਗਤਿ ਕਰਿ ਮਰਤੁ ਸੁ ਸਨਬੰਧੁ ਕੀਜੈ ॥ ਮੀਨ ਕੀ ਚਪਲ ਸਿਉ ਜੁਗਤਿ ਮਨੁ ਰਾਖੀਐ ਉਡੈ ਨਹ ਹੰਸੁ ਨਹ ਕੰਧੁ ਛੀਜੈ ॥੧॥ ਮੂੜੇ ਕਾਇਚੇ ਭਰਮਿ ਭੁਲਾ ॥ ਨਹ ਚੀਨਿਆ ਪਰਮਾਨੰਦੁ ਬੈਰਾਗੀ ॥੧॥ ਰਹਾਉ ॥ ਅਜਰ ਗਹੁ ਜਾਰਿ ਲੈ ਅਮਰ ਗਹੁ ਮਾਰਿ ਲੈ ਭ੍ਰਾਤਿ ਤਜਿ ਛੋਡਿ ਤਉ ਅਪਿਉ ਪੀਜੈ ॥ ਮੀਨ ਕੀ ਚਪਲ ਸਿਉ ਜੁਗਤਿ ਮਨੁ ਰਾਖੀਐ ਉਡੈ ਨਹ ਹੰਸੁ ਨਹ ਕੰਧੁ ਛੀਜੈ ॥੨॥ ਭਣਤਿ ਨਾਨਕੁ ਜਨੋ ਰਵੈ ਜੇ ਹਰਿ ਮਨੋ ਮਨ ਪਵਨ ਸਿਉ ਅੰਮ੍ਰਿਤੁ ਪੀਜੈ ॥ ਮੀਨ ਕੀ ਚਪਲ ਸਿਉ ਜੁਗਤਿ ਮਨੁ ਰਾਖੀਐ ਉਡੈ ਨਹ ਹੰਸੁ ਨਹ ਕੰਧੁ ਛੀਜੈ ॥੩॥੯॥ ਮਾਰੂ ਮਹਲਾ ੧ ॥ ਮਾਇਆ ਮੁਈ ਨ ਮਨੁ ਮੁਆ ਸਰੁ ਲਹਰੀ ਮੈ ਮਤੁ ॥ ਬੋਹਿਥੁ ਜਲ ਸਿਰਿ ਤਰਿ ਟਿਕੈ ਸਾਚਾ ਵਖਰੁ ਜਿਤੁ ॥ ਮਾਣਕੁ ਮਨ ਮਹਿ ਮਨੁ ਮਾਰਸੀ ਸਚਿ ਨ ਲਾਗੈ ਕਤੁ ॥ ਰਾਜਾ ਤਖਤਿ ਟਿਕੈ ਗੁਣੀ ਭੈ ਪੰਚਾਇਣ ਰਤੁ ॥੧॥ ਬਾਬਾ ਸਾਚਾ ਸਾਹਿਬੁ ਦੂਰਿ ਨ ਦੇਖੁ ॥ ਸਰਬ ਜੋਤਿ ਜਗਜੀਵਨਾ ਸਿਰਿ ਸਿਰਿ ਸਾਚਾ ਲੇਖੁ ॥੧॥ ਰਹਾਉ ॥ ਬ੍ਰਹਮਾ ਬਿਸਨੁ ਰਿਖੀ ਮੁਨੀ ਸੰਕਰੁ ਇੰਦੁ ਤਪੈ ਭੇਖਾਰੀ ॥ ਮਾਨੈ ਹੁਕਮੁ ਸੋਹੈ ਦਰਿ ਸਾਚੈ ਆਕੀ ਮਰਹਿ ਅਫਾਰੀ ॥ ਜੰਗਮ ਜੋਧ ਜਤੀ ਸੰਨਿਆਸੀ ਗੁਰਿ ਪੂਰੈ ਵੀਚਾਰੀ ॥ ਬਿਨੁ ਸੇਵਾ ਫਲੁ ਕਬਹੁ ਨ ਪਾਵਸਿ ਸੇਵਾ ਕਰਣੀ ਸਾਰੀ ॥੨॥ ਨਿਧਨਿਆ ਧਨੁ ਨਿਗੁਰਿਆ ਗੁਰੁ ਨਿੰਮਾਣਿਆ ਤੂ ਮਾਣੁ ॥ ਅੰਧੁਲੈ ਮਾਣਕੁ ਗੁਰੁ ਪਕੜਿਆ ਨਿਤਾਣਿਆ ਤੂ ਤਾਣੁ ॥ ਹੋਮ ਜਪਾ ਨਹੀ ਜਾਣਿਆ ਗੁਰਮਤੀ ਸਾਚੁ ਪਛਾਣੁ ॥ ਨਾਮ ਬਿਨਾ ਨਾਹੀ ਦਰਿ ਢੋਈ ਝੂਠਾ ਆਵਣ ਜਾਣੁ ॥੩॥ ਸਾਚਾ ਨਾਮੁ ਸਲਾਹੀਐ ਸਾਚੇ ਤੇ ਤ੍ਰਿਪਤਿ ਹੋਇ ॥ ਗਿਆਨ ਰਤਨਿ ਮਨੁ ਮਾਜੀਐ ਬਹੁੜਿ ਨ ਮੈਲਾ ਹੋਇ ॥ ਜਬ ਲਗੁ ਸਾਹਿਬੁ ਮਨਿ ਵਸੈ ਤਬ ਲਗੁ ਬਿਘਨੁ ਨ ਹੋਇ ॥ ਨਾਨਕ ਸਿਰੁ ਦੇ ਛੁਟੀਐ ਮਨਿ ਤਨਿ ਸਾਚਾ ਸੋਇ ॥੪॥੧੦॥

ਮਾਰੂ ਮਹਲਾ ੧ ॥ ਜੋਗੀ ਜੁਗਤਿ ਨਾਮੁ ਨਿਰਮਾਇਲੁ ਤਾ ਕੈ ਮੈਲੁ ਨ ਰਾਤੀ ॥ ਪ੍ਰੀਤਮ ਨਾਥੁ ਸਦਾ ਸਚੁ ਸੰਗੇ ਜਨਮ ਮਰਣ ਗਤਿ ਬੀਤੀ ॥੧॥ ਗੁਸਾਈ ਤੇਰਾ ਕਹਾ ਨਾਮੁ ਕੈਸੇ ਜਾਤੀ ॥ ਜਾ ਤਉ ਭੀਤਰਿ ਮਹਲਿ ਬੁਲਾਵਹਿ ਪੂਛਉ ਬਾਤ ਨਿਰੰਤੀ ॥੧॥ ਰਹਾਉ ॥ ਬ੍ਰਹਮਣੁ ਬ੍ਰਹਮ ਗਿਆਨ ਇਸਨਾਨੀ ਹਰਿ ਗੁਣ ਪੂਜੇ ਪਾਤੀ ॥ ਏਕੋ ਨਾਮੁ ਏਕੁ ਨਾਰਾਇਣੁ ਤ੍ਰਿਭਵਣ ਏਕਾ ਜੋਤੀ ॥੨॥ ਜਿਹਵਾ ਡੰਡੀ ਇਹੁ ਘਟੁ ਛਾਬਾ ਤੋਲਉ ਨਾਮੁ ਅਜਾਚੀ ॥ ਏਕੋ ਹਾਟੁ ਸਾਹੁ ਸਭਨਾ ਸਿਰਿ ਵਣਜਾਰੇ ਇਕ ਭਾਤੀ ॥੩॥ ਦੋਵੈ ਸਿਰੇ ਸਤਿਗੁਰੂ ਨਿਬੇੜੇ ਸੋ ਬੂਝੈ ਜਿਸੁ ਏਕ ਲਿਵ ਲਾਗੀ ਜੀਅਹੁ ਰਹੈ ਨਿਭਰਾਤੀ ॥ ਸਬਦੁ ਵਸਾਏ ਭਰਮੁ ਚੁਕਾਏ ਸਦਾ ਸੇਵਕੁ ਦਿਨੁ ਰਾਤੀ ॥੪॥ ਊਪਰਿ ਗਗਨੁ ਗਗਨ ਪਰਿ ਗੋਰਖੁ ਤਾ ਕਾ ਅਗਮੁ ਗੁਰੂ ਪੁਨਿ ਵਾਸੀ ॥ ਗੁਰ ਬਚਨੀ ਬਾਹਰਿ ਘਰਿ ਏਕੋ ਨਾਨਕੁ ਭਇਆ ਉਦਾਸੀ ॥੫॥੧੧॥

ਰਾਗੁ ਮਾਰੂ ਮਹਲਾ ੧ ਘਰੁ ੫ ੴ ਸਤਿਗੁਰ ਪ੍ਰਸਾਦਿ ॥

ਅਹਿਨਿਸਿ ਜਾਗੈ ਨੀਦ ਨ ਸੋਵੈ ॥ ਸੋ ਜਾਣੈ ਜਿਸੁ ਵੇਦਨ ਹੋਵੈ ॥ ਪ੍ਰੇਮ ਕੇ ਕਾਨ ਲਗੇ ਤਨ ਭੀਤਰਿ ਵੈਦੁ ਕਿ ਜਾਣੈ ਕਾਰੀ ਜੀਉ ॥੧॥ ਜਿਸ ਨੋ ਸਾਚਾ ਸਿਫਤੀ ਲਾਏ ॥ ਗੁਰਮੁਖਿ ਵਿਰਲੇ ਕਿਸੈ ਬੁਝਾਏ ॥ ਅੰਮ੍ਰਿਤ ਕੀ ਸਾਰ ਸੋਈ ਜਾਣੈ ਜਿ ਅੰਮ੍ਰਿਤ ਕਾ ਵਾਪਾਰੀ ਜੀਉ ॥੧॥ ਰਹਾਉ ॥ ਪਿਰ ਸੇਤੀ ਧਨ ਪ੍ਰੇਮੁ ਰਚਾਏ ॥ ਗੁਰ ਕੈ ਸਬਦਿ ਤਥਾ ਚਿਤੁ ਲਾਏ ॥ ਸਹਜ ਸੇਤੀ ਧਨ ਖਰੀ ਸੁਹੇਲੀ ਤ੍ਰਿਸਨਾ ਤਿਖਾ ਨਿਵਾਰੀ ਜੀਉ ॥੨॥ ਸਹਸਾ ਤੋੜੇ ਭਰਮੁ ਚੁਕਾਏ ॥ ਸਹਜੇ ਸਿਫਤੀ ਧਣਖੁ ਚੜਾਏ ॥ ਗੁਰ ਕੈ ਸਬਦਿ ਮਰੈ ਮਨੁ ਮਾਰੇ ਸੁੰਦਰਿ ਜੋਗਾਧਾਰੀ ਜੀਉ ॥੩॥ ਹਉਮੈ ਜਲਿਆ ਮਨਹੁ ਵਿਸਾਰੇ ॥ ਜਮ ਪੁਰਿ ਵਜਹਿ ਖੜਗ ਕਰਾਰੇ ॥ ਅਬ ਕੈ ਕਹਿਐ ਨਾਮੁ ਨ ਮਿਲਈ ਤੂ ਸਹੁ ਜੀਅੜੇ ਭਾਰੀ ਜੀਉ ॥੪॥ ਮਾਇਆ ਮਮਤਾ ਪਵਹਿ ਖਿਆਲੀ ॥ ਜਮ ਪੁਰਿ ਫਾਸਹਿਗਾ ਜਮ ਜਾਲੀ ॥ ਹੇਤ ਕੇ ਬੰਧਨ ਤੋੜਿ

ਨ ਸਾਕਹਿ ਤਾ ਜਮੁ ਕਰੇ ਖੁਆਰੀ ਜੀਉ ॥੫॥ ਨਾ ਹਉ ਕਰਤਾ ਨਾ ਮੈ ਕੀਆ ॥ ਅੰਮ੍ਰਿਤੁ ਨਾਮੁ ਸਤਿਗੁਰਿ ਦੀਆ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ਨਾਨਕ ਸਰਣਿ ਤੁਮਾਰੀ ਜੀਉ ॥੬॥੧॥੧੨॥

ਅੰਗ 993 ਤੋਂ ਮਾਰੂ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 995 ਤੱਕ ਹੈ।

ਅੰਗ 995 ਤੋਂ ਮਾਰੂ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 998 ਤੱਕ ਹੈ।

ਅੰਗ 998 ਤੋਂ ਮਾਰੂ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਮਾਰੂ ਅੰਜੁਲੀ ਮਹਲਾ ੫ ਅੰਗ 1008 ਤੱਕ ਹੈ।

ਅੰਗ 1008 ’ਤੇ ਮਾਰੂ ਮਹਲਾ ੯ ਬਾਣੀ ਦਰਜ ਹੈ।

ਮਾਰੂ ਅਸਟਪਦੀਆ ਮਹਲਾ ੧

ਅੰਗ 1008 ਤੋਂ ਮਾਰੂ ਅਸਟਪਦੀਆ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1014 ਤੱਕ ਹੈ।

ਮਾਰੂ ਅਸਟਪਦੀਆ ਮਹਲਾ ੧ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥

ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ ॥ ਅਠਸਿਠ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ ॥ ਸਾਚੋ ਸਾਹਿਬੁ ਨਿਰਮਲੋ ਮਨਿ ਮਾਨੈ ਏਕਾ ॥੧॥ ਤੂ ਅਜਰਾਵਰੁ ਅਮਰੁ ਤੂ ਸਭ ਚਾਲਣਹਾਰੀ ॥ ਨਾਮੁ ਰਸਾਇਣੁ ਭਾਇ ਲੈ ਪਰਹਰਿ ਦੁਖੁ ਭਾਰੀ ॥੧॥ ਰਹਾਉ ॥ ਹਰਿ ਪੜੀਐ ਹਰਿ ਬੁਝੀਐ ਗੁਰਮਤੀ ਨਾਮਿ ਉਧਾਰਾ ॥ ਗੁਰਿ ਪੂਰੈ ਪੂਰੀ ਮਤਿ ਹੈ ਪੂਰੈ ਸਬਦਿ ਬੀਚਾਰਾ ॥ ਅਠਸਠਿ ਤੀਰਥ ਹਰਿ ਨਾਮੁ ਹੈ ਕਿਲਵਿਖ ਕਾਟਣਹਾਰਾ ॥੨॥ ਜਲੁ ਬਿਲੋਵੈ ਜਲੁ ਮਥੈ ਤਤੁ ਲੋੜੈ ਅੰਧੁ ਅਗਿਆਨਾ ॥ ਗੁਰਮਤੀ ਦਧਿ ਮਥੀਐ ਅੰਮ੍ਰਿਤੁ ਪਾਈਐ ਨਾਮੁ ਨਿਧਾਨਾ ॥ ਮਨਮੁਖ ਤਤੁ ਨ ਜਾਣਨੀ ਪਸੂ ਮਾਹਿ ਸਮਾਨਾ ॥੩॥ ਹਉਮੈ ਮੇਰਾ ਮਰੀ ਮਰੁ ਮਰਿ ਜੰਮੈ ਵਾਰੋ ਵਾਰ ॥ ਗੁਰ ਕੈ ਸਬਦੇ ਜੇ ਮਰੈ ਫਿਰਿ ਮਰੈ ਨ ਦੂਜੀ ਵਾਰ ॥ ਗੁਰਮਤੀ ਜਗਜੀਵਨੁ ਮਨਿ ਵਸੈ ਸਭਿ ਕੁਲ ਉਧਾਰਣਹਾਰ ॥੪॥ ਸਚਾ ਵਖਰੁ ਨਾਮੁ ਹੈ ਸਚਾ ਵਾਪਾਰਾ ॥ ਲਾਹਾ ਨਾਮੁ ਸੰਸਾਰਿ ਹੈ ਗੁਰਮਤੀ ਵੀਚਾਰਾ ॥ ਦੂਜੈ ਭਾਇ ਕਾਰ ਕਮਾਵਣੀ ਨਿਤ ਤੋਟਾ ਸੈਸਾਰਾ ॥੫॥ ਸਾਚੀ ਸੰਗਤਿ ਥਾਨੁ ਸਚੁ ਸਚੇ ਘਰ ਬਾਰਾ ॥ ਸਚਾ ਭੋਜਨੁ ਭਾਉ ਸਚੁ ਸਚੁ ਨਾਮੁ ਅਧਾਰਾ ॥ ਸਚੀ ਬਾਣੀ ਸੰਤੋਖਿਆ ਸਚਾ ਸਬਦੁ ਵੀਚਾਰਾ ॥੬॥ ਰਸ ਭੋਗਣ ਪਾਤਿਸਾਹੀਆ ਦੁਖ ਸੁਖ ਸੰਘਾਰਾ ॥ ਮੋਟਾ ਨਾਉ ਧਰਾਈਐ ਗਲਿ ਅਉਗਣ ਭਾਰਾ ॥ ਮਾਣਸ ਦਾਤਿ ਨ ਹੋਵਈ ਤੂ ਦਾਤਾ ਸਾਰਾ ॥੭॥ ਅਗਮ ਅਗੋਚਰੁ ਤੂ ਧਣੀ ਅਵਿਗਤੁ ਅਪਾਰਾ ॥ ਗੁਰ ਸਬਦੀ ਦਰੁ ਜੋਈਐ ਮੁਕਤੇ ਭੰਡਾਰਾ ॥ ਨਾਨਕ ਮੇਲੁ ਨ ਚੂਕਈ ਸਾਚੇ ਵਾਪਾਰਾ ॥੮॥੧॥ ਮਾਰੂ ਮਹਲਾ ੧ ॥ ਬਿਖੁ ਬੋਹਿਥਾ ਲਾਦਿਆ ਦੀਆ ਸਮੁੰਦ ਮੰਝਾਰਿ ॥ ਕੰਧੀ ਦਿਸਿ ਨ ਆਵਈ ਨਾ ਉਰਵਾਰੁ ਨ ਪਾਰੁ ॥ ਵੰਝੀ ਹਾਥਿ ਨ ਖੇਵਟੂ ਜਲੁ ਸਾਗਰੁ ਅਸਰਾਲੁ ॥੧॥ ਬਾਬਾ ਜਗੁ ਫਾਥਾ ਮਹਾ ਜਾਲਿ ॥ ਗੁਰ ਪਰਸਾਦੀ ਉਬਰੇ ਸਚਾ ਨਾਮੁ ਸਮਾਲਿ ॥੧॥ ਰਹਾਉ ॥ ਸਤਿਗੁਰੂ ਹੈ ਬੋਹਿਥਾ ਸਬਦਿ ਲੰਘਾਵਣਹਾਰੁ ॥ ਤਿਥੈ ਪਵਣੁ ਨ ਪਾਵਕੋ ਨਾ ਜਲੁ ਨਾ ਆਕਾਰੁ ॥ ਤਿਥੈ ਸਚਾ ਸਚਿ ਨਾਇ ਭਵਜਲ ਤਾਰਣਹਾਰੁ ॥੨॥ ਗੁਰਮੁਖਿ ਲੰਘੇ ਸੇ ਪਾਰਿ ਪਏ ਸਚੇ ਸਿਉ ਲਿਵ ਲਾਇ ॥ ਆਵਾ ਗਉਣੁ ਨਿਵਾਰਿਆ ਜੋਤੀ ਜੋਤਿ ਮਿਲਾਇ ॥ ਗੁਰਮਤੀ ਸਹਜੁ ਊਪਜੈ ਸਚੇ ਰਹੈ ਸਮਾਇ ॥੩॥ ਸਪੁ ਪਿੜਾਈ ਪਾਈਐ ਬਿਖੁ ਅੰਤਰਿ ਮਨਿ ਰੋਸੁ ॥ ਪੂਰਬਿ

ਲਿਖਿਆ ਪਾਈਐ ਕਿਸ ਨੋ ਦੀਜੈ ਦੋਸੁ ॥ ਗੁਰਮੁਖਿ ਗਾਰੜੁ ਜੇ ਸੁਣੇ ਮੰਨੇ ਨਾਉ ਸੰਤੋਸੁ ॥੪॥ ਮਾਗਰਮਛੁ ਫਹਾਈਐ ਕੁੰਡੀ ਜਾਲੁ ਵਤਾਇ ॥ ਦੁਰਮਤਿ ਫਾਥਾ ਫਾਹੀਐ ਫਿਰਿ ਫਿਰਿ ਪਛੋਤਾਇ ॥ ਜੰਮਣ ਮਰਣੁ ਨ ਸੁਝਈ ਕਿਰਤੁ ਨ ਮੇਟਿਆ ਜਾਇ ॥੫॥ ਹਉਮੈ ਬਿਖੁ ਪਾਇ ਜਗਤੁ ਉਪਾਇਆ ਸਬਦੁ ਵਸੈ ਬਿਖੁ ਜਾਇ ॥ ਜਰਾ ਜੋਹਿ ਨ ਸਕਈ ਸਚਿ ਰਹੈ ਲਿਵ ਲਾਇ ॥ ਜੀਵਨ ਮੁਕਤੁ ਸੋ ਆਖੀਐ ਜਿਸੁ ਵਿਚਹੁ ਹਉਮੈ ਜਾਇ ॥੬॥ ਧੰਧੈ ਧਾਵਤ ਜਗੁ ਬਾਧਿਆ ਨਾ ਬੂਝੈ ਵੀਚਾਰੁ ॥ ਜੰਮਣ ਮਰਣੁ ਵਿਸਾਰਿਆ ਮਨਮੁਖ ਮੁਗਧੁ ਗਵਾਰੁ ॥ ਗੁਰਿ ਰਾਖੇ ਸੇ ਉਬਰੇ ਸਚਾ ਸਬਦੁ ਵੀਚਾਰਿ ॥੭॥ ਸੂਹਟੁ ਪਿੰਜਰਿ ਪ੍ਰੇਮ ਕੈ ਬੋਲੈ ਬੋਲਣਹਾਰੁ ॥ ਸਚੁ ਚੁਗੈ ਅੰਮ੍ਰਿਤੁ ਪੀਐ ਉਡੈ ਤ ਏਕਾ ਵਾਰ ॥ ਗੁਰਿ ਮਿਲਿਐ ਖਸਮੁ ਪਛਾਣੀਐ ਕਹੁ ਨਾਨਕ ਮੋਖ ਦੁਆਰੁ ॥੮॥੨॥ ਮਾਰੂ ਮਹਲਾ ੧ ॥ ਸਬਦਿ ਮਰੈ ਤਾ ਮਾਰਿ ਮਰੁ ਭਾਗੋ ਕਿਸੁ ਪਹਿ ਜਾਉ ॥ ਜਿਸ ਕੈ ਡਰਿ ਭੈ ਭਾਗੀਐ ਅੰਮ੍ਰਿਤੁ ਤਾ ਕੋ ਨਾਉ ॥ ਮਾਰਹਿ ਰਾਖਹਿ ਏਕੁ ਤੂ ਬੀਜਉ ਨਾਹੀ ਥਾਉ ॥੧॥ ਬਾਬਾ ਮੈ ਕੁਚੀਲੁ ਕਾਚਉ ਮਤਿਹੀਨ ॥ ਨਾਮ ਬਿਨਾ ਕੋ ਕਛੁ ਨਹੀ ਗੁਰਿ ਪੂਰੈ ਪੂਰੀ ਮਤਿ ਕੀਨ ॥੧॥ ਰਹਾਉ ॥ ਅਵਗਣਿ ਸੁਭਰ ਗੁਣ ਨਹੀ ਬਿਨੁ ਗੁਣ ਕਿਉ ਘਰਿ ਜਾਉ ॥ ਸਹਜਿ ਸਬਦਿ ਸੁਖੁ ਊਪਜੈ ਬਿਨੁ ਭਾਗਾ ਧਨੁ ਨਾਹਿ ॥ ਜਿਨ ਕੈ ਨਾਮੁ ਨ ਮਨਿ ਵਸੈ ਸੇ ਬਾਧੇ ਦੂਖ ਸਹਾਹਿ ॥੨॥ ਜਿਨੀ ਨਾਮੁ ਵਿਸਾਰਿਆ ਸੇ ਕਿਤੁ ਆਏ ਸੰਸਾਰਿ ॥ ਆਗੈ ਪਾਛੈ ਸੁਖੁ ਨਹੀ ਗਾਡੇ ਲਾਦੇ ਛਾਰੁ ॥ ਵਿਛੁੜਿਆ ਮੇਲਾ ਨਹੀ ਦੂਖੁ ਘਣੋ ਜਮ ਦੁਆਰਿ ॥੩॥ ਅਗੈ ਕਿਆ ਜਾਣਾ ਨਾਹਿ ਮੈ ਭੂਲੇ ਤੂ ਸਮਝਾਇ ॥ ਭੂਲੇ ਮਾਰਗੁ ਜੋ ਦਸੇ ਤਿਸ ਕੈ ਲਾਗਉ ਪਾਇ ॥ ਗੁਰ ਬਿਨੁ ਦਾਤਾ ਕੋ ਨਹੀ ਕੀਮਤਿ ਕਹਣੁ ਨ ਜਾਇ ॥੪॥ ਸਾਜਨੁ ਦੇਖਾ ਤਾ ਗਲਿ ਮਿਲਾ ਸਾਚੁ ਪਠਾਇਓ ਲੇਖੁ ॥ ਮੁਖਿ ਧਿਮਾਣੈ ਧਨ ਖੜੀ ਗੁਰਮੁਖਿ ਆਖੀ ਦੇਖੁ ॥ ਤੁਧੁ ਭਾਵੈ ਤੂ ਮਨਿ ਵਸਹਿ ਨਦਰੀ ਕਰਮਿ ਵਿਸੇਖੁ ॥੫॥ ਭੂਖ ਪਿਆਸੋ ਜੇ ਭਵੈ ਕਿਆ ਤਿਸੁ ਮਾਗਉ ਦੇਇ ॥ ਬੀਜਉ ਸੂਝੈ ਕੋ ਨਹੀ ਮਨਿ ਤਨਿ ਪੂਰਨੁ ਦੇਇ ॥ ਜਿਨਿ ਕੀਆ ਤਿਨਿ ਦੇਖਿਆ ਆਪਿ ਵਡਾਈ ਦੇਇ ॥੬॥ ਨਗਰੀ ਨਾਇਕੁ ਨਵਤਨੋ ਬਾਲਕੁ ਲੀਲ ਅਨੂਪੁ ॥ ਨਾਰਿ ਨ ਪੁਰਖੁ ਨ ਪੰਖਣੂ ਸਾਚਉ ਚਤੁਰੁ ਸਰੂਪੁ ॥ ਜੋ ਤਿਸੁ ਭਾਵੈ ਸੋ ਥੀਐ ਤੂ ਦੀਪਕੁ ਤੂ ਧੂਪੁ ॥੭॥ ਗੀਤ ਸਾਦ ਚਾਖੇ ਸੁਣੇ ਬਾਦ ਸਾਦ ਤਨਿ ਰੋਗੁ ॥ ਸਚੁ ਭਾਵੈ ਸਾਚਉ ਚਵੈ ਛੂਟੈ ਸੋਗ

ਵਿਜੋਗੁ ॥ ਨਾਨਕ ਨਾਮੁ ਨ ਵੀਸਰੈ ਜੋ ਤਿਸੁ ਭਾਵੈ ਸੁ ਹੋਗੁ ॥੮॥੩॥ ਮਾਰੂ ਮਹਲਾ ੧ ॥ ਸਾਚੀ ਕਾਰ ਕਮਾਵਣੀ ਹੋਰਿ ਲਾਲਚ ਬਾਦਿ ॥ ਇਹੁ ਮਨੁ ਸਾਚੈ ਮੋਹਿਆ ਜਿਹਵਾ ਸਚਿ ਸਾਦਿ ॥ ਬਿਨੁ ਨਾਵੈ ਕੋ ਰਸੁ ਨਹੀ ਹੋਰਿ ਚਲਹਿ ਬਿਖੁ ਲਾਦਿ ॥੧॥ ਐਸਾ ਲਾਲਾ ਮੇਰੇ ਲਾਲ ਕੋ ਸੁਣਿ ਖਸਮ ਹਮਾਰੇ ॥ ਜਿਉ ਫੁਰਮਾਵਹਿ ਤਿਉ ਚਲਾ ਸਚੁ ਲਾਲ ਪਿਆਰੇ ॥੧॥ ਰਹਾਉ ॥ ਅਨਦਿਨੁ ਲਾਲੇ ਚਾਕਰੀ ਗੋਲੇ ਸਿਰਿ ਮੀਰਾ ॥ ਗੁਰ ਬਚਨੀ ਮਨੁ ਵੇਚਿਆ ਸਬਦਿ ਮਨੁ ਧੀਰਾ ॥ ਗੁਰ ਪੂਰੇ ਸਾਬਾਸਿ ਹੈ ਕਾਟੈ ਮਨ ਪੀਰਾ ॥੨॥ ਲਾਲਾ ਗੋਲਾ ਧਣੀ ਕੋ ਕਿਆ ਕਹਉ ਵਡਿਆਈਐ ॥ ਭਾਣੈ ਬਖਸੇ ਪੂਰਾ ਧਣੀ ਸਚੁ ਕਾਰ ਕਮਾਈਐ ॥ ਵਿਛੁੜਿਆ ਕਉ ਮੇਲਿ ਲਏ ਗੁਰ ਕਉ ਬਲਿ ਜਾਈਐ ॥੩॥ ਲਾਲੇ ਗੋਲੇ ਮਤਿ ਖਰੀ ਗੁਰ ਕੀ ਮਤਿ ਨੀਕੀ ॥ ਸਾਚੀ ਸੁਰਤਿ ਸੁਹਾਵਣੀ ਮਨਮੁਖ ਮਤਿ ਫੀਕੀ ॥ ਮਨੁ ਤਨੁ ਤੇਰਾ ਤੂ ਪ੍ਰਭੂ ਸਚੁ ਧੀਰਕ ਧੁਰ ਕੀ ॥੪॥ ਸਾਚੈ ਬੈਸਣੁ ਉਠਣਾ ਸਚੁ ਭੋਜਨੁ ਭਾਖਿਆ ॥ ਚਿਤਿ ਸਚੈ ਵਿਤੋ ਸਚਾ ਸਾਚਾ ਰਸੁ ਚਾਖਿਆ ॥ ਸਾਚੈ ਘਰਿ ਸਾਚੈ ਰਖੇ ਗੁਰ ਬਚਨਿ ਸੁਭਾਖਿਆ ॥੫॥ ਮਨਮੁਖ ਕਉ ਆਲਸੁ ਘਣੋ ਫਾਥੇ ਓਜਾੜੀ ॥ ਫਾਥਾ ਚੁਗੈ ਨਿਤ ਚੋਗੜੀ ਲਗਿ ਬੰਧੁ ਵਿਗਾੜੀ ॥ ਗੁਰ ਪਰਸਾਦੀ ਮੁਕਤੁ ਹੋਇ ਸਚੇ ਨਿਜ ਤਾੜੀ ॥੬॥ ਅਨਹਤਿ ਲਾਲਾ ਬੇਧਿਆ ਪ੍ਰਭ ਹੇਤਿ ਪਿਆਰੀ ॥ ਬਿਨੁ ਸਾਚੇ ਜੀਉ ਜਲਿ ਬਲਉ ਝੂਠੇ ਵੇਕਾਰੀ ॥ ਬਾਦਿ ਕਾਰਾ ਸਭਿ ਛੋਡੀਆ ਸਾਚੀ ਤਰੁ ਤਾਰੀ ॥੭॥ ਜਿਨੀ ਨਾਮੁ ਵਿਸਾਰਿਆ ਤਿਨਾ ਠਉਰ ਨ ਠਾਉ ॥ ਲਾਲੈ ਲਾਲਚੁ ਤਿਆਗਿਆ ਪਾਇਆ ਹਰਿ ਨਾਉ ॥ ਤੂ ਬਖਸਹਿ ਤਾ ਮੇਲਿ ਲੈਹਿ ਨਾਨਕ ਬਲਿ ਜਾਉ ॥੮॥੪॥ ਮਾਰੂ ਮਹਲਾ ੧ ॥ ਲਾਲੈ ਗਾਰਬੁ ਛੋਡਿਆ ਗੁਰ ਕੈ ਭੈ ਸਹਜਿ ਸੁਭਾਈ ॥ ਲਾਲੈ ਖਸਮੁ ਪਛਾਣਿਆ ਵਡੀ ਵਡਿਆਈ ॥ ਖਸਮਿ ਮਿਲਿਐ ਸੁਖੁ ਪਾਇਆ ਕੀਮਤਿ ਕਹਣੁ ਨ ਜਾਈ ॥੧॥ ਲਾਲਾ ਗੋਲਾ ਖਸਮ ਕਾ ਖਸਮੈ ਵਡਿਆਈ ॥ ਗੁਰ ਪਰਸਾਦੀ ਉਬਰੇ ਹਰਿ ਕੀ ਸਰਣਾਈ ॥੧॥ ਰਹਾਉ ॥ ਲਾਲੇ ਨੋ ਸਿਰਿ ਕਾਰ ਹੈ ਧੁਰਿ ਖਸਮਿ ਫੁਰਮਾਈ ॥ ਲਾਲੈ ਹੁਕਮੁ ਪਛਾਣਿਆ ਸਦਾ ਰਹੈ ਰਜਾਈ ॥ ਆਪੇ ਮੀਰਾ ਬਖਸਿ ਲਏ ਵਡੀ ਵਡਿਆਈ ॥੨॥ ਆਪਿ ਸਚਾ ਸਭੁ ਸਚੁ ਹੈ ਗੁਰ ਸਬਦਿ ਬੁਝਾਈ ॥ ਤੇਰੀ ਸੇਵਾ ਸੋ ਕਰੇ ਜਿਸ ਨੋ ਲੈਹਿ ਤੂ ਲਾਈ ॥ ਬਿਨੁ ਸੇਵਾ ਕਿਨੈ ਨ ਪਾਇਆ ਦੂਜੈ ਭਰਮਿ ਖੁਆਈ ॥੩॥ ਸੋ ਕਿਉ ਮਨਹੁ ਵਿਸਾਰੀਐ ਨਿਤ ਦੇਵੈ ਚੜੈ ਸਵਾਇਆ ॥ ਜੀਉ ਪਿੰਡੁ

ਸਭੁ ਤਿਸ ਦਾ ਸਾਹੁ ਤਿਨੈ ਵਿਚਿ ਪਾਇਆ ॥ ਜਾ ਕ੍ਰਿਪਾ ਕਰੇ ਤਾ ਸੇਵੀਐ ਸੇਵਿ ਸਚਿ ਸਮਾਇਆ ॥੪॥ ਲਾਲਾ ਸੋ ਜੀਵਤੁ ਮਰੈ ਮਰਿ ਵਿਚਹੁ ਆਪੁ ਗਵਾਏ ॥ ਬੰਧਨ ਤੂਟਹਿ ਮੁਕਤਿ ਹੋਇ ਤ੍ਰਿਸਨਾ ਅਗਨਿ ਬੁਝਾਏ ॥ ਸਭ ਮਹਿ ਨਾਮੁ ਨਿਧਾਨੁ ਹੈ ਗੁਰਮੁਖਿ ਕੋ ਪਾਏ ॥੫॥ ਲਾਲੇ ਵਿਚਿ ਗੁਣੁ ਕਿਛੁ ਨਹੀ ਲਾਲਾ ਅਵਗਣਿਆਰੁ ॥ ਤੁਧੁ ਜੇਵਡੁ ਦਾਤਾ ਕੋ ਨਹੀ ਤੂ ਬਖਸਣਹਾਰੁ ॥ ਤੇਰਾ ਹੁਕਮੁ ਲਾਲਾ ਮੰਨੇ ਏਹ ਕਰਣੀ ਸਾਰੁ ॥੬॥ ਗੁਰੁ ਸਾਗਰੁ ਅੰਮ੍ਰਿਤ ਸਰੁ ਜੋ ਇਛੇ ਸੋ ਫਲੁ ਪਾਏ ॥ ਨਾਮੁ ਪਦਾਰਥੁ ਅਮਰੁ ਹੈ ਹਿਰਦੈ ਮੰਨਿ ਵਸਾਏ ॥ ਗੁਰ ਸੇਵਾ ਸਦਾ ਸੁਖੁ ਹੈ ਜਿਸ ਨੋ ਹੁਕਮੁ ਮਨਾਏ ॥੭॥ ਸੁਇਨਾ ਰੁਪਾ ਸਭ ਧਾਤੁ ਹੈ ਮਾਟੀ ਰਲਿ ਜਾਈ ॥ ਬਿਨੁ ਨਾਵੈ ਨਾਲਿ ਨ ਚਲਈ ਸਤਿਗੁਰਿ ਬੂਝ ਬੁਝਾਈ ॥ ਨਾਨਕ ਨਾਮਿ ਰਤੇ ਸੇ ਨਿਰਮਲੇ ਸਾਚੈ ਰਹੇ ਸਮਾਈ ॥੮॥੫॥ ਮਾਰੂ ਮਹਲਾ ੧ ॥ ਹੁਕਮੁ ਭਇਆ ਰਹਣਾ ਨਹੀ ਧੁਰਿ ਫਾਟੇ ਚੀਰੈ ॥ ਏਹੁ ਮਨੁ ਅਵਗਣਿ ਬਾਧਿਆ ਸਹੁ ਦੇਹ ਸਰੀਰੈ ॥ ਪੂਰੈ ਗੁਰਿ ਬਖਸਾਈਅਹਿ ਸਭਿ ਗੁਨਹ ਫਕੀਰੈ ॥੧॥ ਕਿਉ ਰਹੀਐ ਉਠਿ ਚਲਣਾ ਬੁਝੁ ਸਬਦ ਬੀਚਾਰਾ ॥ ਜਿਸੁ ਤੂ ਮੇਲਹਿ ਸੋ ਮਿਲੈ ਧੁਰਿ ਹੁਕਮੁ ਅਪਾਰਾ ॥੧॥ ਰਹਾਉ ॥ ਜਿਉ ਤੂ ਰਾਖਹਿ ਤਿਉ ਰਹਾ ਜੋ ਦੇਹਿ ਸੁ ਖਾਉ ॥ ਜਿਉ ਤੂ ਚਲਾਵਹਿ ਤਿਉ ਚਲਾ ਮੁਖਿ ਅੰਮ੍ਰਿਤ ਨਾਉ ॥ ਮੇਰੇ ਠਾਕੁਰ ਹਥਿ ਵਡਿਆਈਆ ਮੇਲਹਿ ਮਨਿ ਚਾਉ ॥੨॥ ਕੀਤਾ ਕਿਆ ਸਾਲਾਹੀਐ ਕਰਿ ਦੇਖੈ ਸੋਈ ॥ ਜਿਨਿ ਕੀਆ ਸੋ ਮਨਿ ਵਸੈ ਮੈ ਅਵਰੁ ਨ ਕੋਈ ॥ ਸੋ ਸਾਚਾ ਸਾਲਾਹੀਐ ਸਾਚੀ ਪਤਿ ਹੋਈ ॥੩॥ ਪੰਡਿਤੁ ਪੜਿ ਨ ਪਹੁਚਈ ਬਹੁ ਆਲ ਜੰਜਾਲਾ ॥ ਪਾਪ ਪੁੰਨ ਦੁਇ ਸੰਗਮੇ ਖੁਧਿਆ ਜਮਕਾਲਾ ॥ ਵਿਛੋੜਾ ਭਉ ਵੀਸਰੈ ਪੂਰਾ ਰਖਵਾਲਾ ॥੪॥ ਜਿਨ ਕੀ ਲੇਖੈ ਪਤਿ ਪਵੈ ਸੇ ਪੂਰੇ ਭਾਈ ॥ ਪੂਰੇ ਪੂਰੀ ਮਤਿ ਹੈ ਸਚੀ ਵਡਿਆਈ ॥ ਦੇਦੇ ਤੋਟਿ ਨ ਆਵਈ ਲੈ ਲੈ ਥਕਿ ਪਾਈ ॥੫॥ ਖਾਰ ਸਮੁਦ੍ਰ ਢੰਢੋਲੀਐ ਇਕੁ ਮਣੀਆ ਪਾਵੈ ॥ ਦੁਇ ਦਿਨ ਚਾਰਿ ਸੁਹਾਵਣਾ ਮਾਟੀ ਤਿਸੁ ਖਾਵੈ ॥ ਗੁਰੁ ਸਾਗਰੁ ਸਤਿ ਸੇਵੀਐ ਦੇ ਤੋਟਿ ਨ ਆਵੈ ॥੬॥ ਮੇਰੇ ਪ੍ਰਭ ਭਾਵਨਿ ਸੇ ਊਜਲੇ ਸਭ ਮੈਲੁ ਭਰੀਜੈ ॥ ਮੈਲਾ ਊਜਲੁ ਤਾ ਥੀਐ ਪਾਰਸ ਸੰਗਿ ਭੀਜੈ ॥ ਵੰਨੀ ਸਾਚੇ ਲਾਲ ਕੀ ਕਿਨਿ ਕੀਮਤਿ ਕੀਜੈ ॥੭॥ ਭੇਖੀ ਹਾਥ ਨ ਲਭਈ ਤੀਰਥਿ ਨਹੀ ਦਾਨੇ ॥ ਪੂਛਉ ਬੇਦ ਪੜੰਤਿਆ ਮੂਠੀ ਵਿਣੁ ਮਾਨੇ ॥ ਨਾਨਕ ਕੀਮਤਿ ਸੋ ਕਰੇ ਪੂਰਾ ਗੁਰੁ ਗਿਆਨੇ ॥੮॥੬॥ ਮਾਰੂ ਮਹਲਾ ੧ ॥ ਮਨਮੁਖੁ

ਲਹਰਿ ਘਰੁ ਤਜਿ ਵਿਗੂਚੈ ਅਵਰਾ ਕੇ ਘਰ ਹੇਰੈ ॥ ਗ੍ਰਿਹ ਧਰਮੁ ਗਵਾਏ ਸਤਿਗੁਰੁ ਨ ਭੇਟੈ ਦੁਰਮਤਿ ਘੂਮਨ ਘੇਰੈ ॥ ਦਿਸੰਤਰੁ ਭਵੈ ਪਾਠ ਪੜਿ ਥਾਕਾ ਤ੍ਰਿਸਨਾ ਹੋਇ ਵਧੇਰੈ ॥ ਕਾਚੀ ਪਿੰਡੀ ਸਬਦੁ ਨ ਚੀਨੈ ਉਦਰੁ ਭਰੈ ਜੈਸੇ ਢੋਰੈ ॥੧॥ ਬਾਬਾ ਐਸੀ ਰਵਤ ਰਵੈ ਸੰਨਿਆਸੀ ॥ ਗੁਰ ਕੈ ਸਬਦਿ ਏਕ ਲਿਵ ਲਾਗੀ ਤੇਰੈ ਨਾਮਿ ਰਤੇ ਤ੍ਰਿਪਤਾਸੀ ॥੧॥ ਰਹਾਉ ॥ ਘੋਲੀ ਗੇਰੂ ਰੰਗੁ ਚੜਾਇਆ ਵਸਤ੍ਰ ਭੇਖ ਭੇਖਾਰੀ ॥ ਕਾਪੜ ਫਾਰਿ ਬਨਾਈ ਖਿੰਥਾ ਝੋਲੀ ਮਾਇਆਧਾਰੀ ॥ ਘਰਿ ਘਰਿ ਮਾਗੈ ਜਗੁ ਪਰਬੋਧੈ ਮਨਿ ਅੰਧੈ ਪਤਿ ਹਾਰੀ ॥ ਭਰਮਿ ਭੁਲਾਣਾ ਸਬਦੁ ਨ ਚੀਨੈ ਜੂਐ ਬਾਜੀ ਹਾਰੀ ॥੨॥ ਅੰਤਰਿ ਅਗਨਿ ਨ ਗੁਰ ਬਿਨੁ ਬੂਝੈ ਬਾਹਰਿ ਪੂਅਰ ਤਾਪੈ ॥ ਗੁਰ ਸੇਵਾ ਬਿਨੁ ਭਗਤਿ ਨ ਹੋਵੀ ਕਿਉ ਕਰਿ ਚੀਨਸਿ ਆਪੈ ॥ ਨਿੰਦਾ ਕਰਿ ਕਰਿ ਨਰਕ ਨਿਵਾਸੀ ਅੰਤਰਿ ਆਤਮ ਜਾਪੈ ॥ ਅਠਸਠਿ ਤੀਰਥ ਭਰਮਿ ਵਿਗੂਚਹਿ ਕਿਉ ਮਲੁ ਧੋਪੈ ਪਾਪੈ ॥੩॥ ਛਾਣੀ ਖਾਕੁ ਬਿਭੂਤ ਚੜਾਈ ਮਾਇਆ ਕਾ ਮਗੁ ਜੋਹੈ ॥ ਅੰਤਰਿ ਬਾਹਰਿ ਏਕੁ ਨ ਜਾਣੈ ਸਾਚੁ ਕਹੇ ਤੇ ਛੋਹੈ ॥ ਪਾਠੁ ਪੜੈ ਮੁਖਿ ਝੂਠੋ ਬੋਲੈ ਨਿਗੁਰੇ ਕੀ ਮਤਿ ਓਹੈ ॥ ਨਾਮੁ ਨ ਜਪਈ ਕਿਉ ਸੁਖੁ ਪਾਵੈ ਬਿਨੁ ਨਾਵੈ ਕਿਉ ਸੋਹੈ ॥੪॥ ਮੂੰਡੁ ਮੁਡਾਇ ਜਟਾ ਸਿਖ ਬਾਧੀ ਮੋਨਿ ਰਹੈ ਅਭਿਮਾਨਾ ॥ ਮਨੂਆ ਡੋਲੈ ਦਹ ਦਿਸ ਧਾਵੈ ਬਿਨੁ ਰਤ ਆਤਮ ਗਿਆਨਾ ॥ ਅੰਮ੍ਰਿਤੁ ਛੋਡਿ ਮਹਾ ਬਿਖੁ ਪੀਵੈ ਮਾਇਆ ਕਾ ਦੇਵਾਨਾ ॥ ਕਿਰਤੁ ਨ ਮਿਟਈ ਹੁਕਮੁ ਨ ਬੂਝੈ ਪਸੂਆ ਮਾਹਿ ਸਮਾਨਾ ॥੫॥ ਹਾਥ ਕਮੰਡਲੁ ਕਾਪੜੀਆ ਮਨਿ ਤ੍ਰਿਸਨਾ ਉਪਜੀ ਭਾਰੀ ॥ ਇਸਤ੍ਰੀ ਤਜਿ ਕਰਿ ਕਾਮਿ ਵਿਆਪਿਆ ਚਿਤੁ ਲਾਇਆ ਪਰ ਨਾਰੀ ॥ ਸਿਖ ਕਰੇ ਕਰਿ ਸਬਦੁ ਨ ਚੀਨੈ ਲੰਪਟੁ ਹੈ ਬਾਜਾਰੀ ॥ ਅੰਤਰਿ ਬਿਖੁ ਬਾਹਰਿ ਨਿਭਰਾਤੀ ਤਾ ਜਮੁ ਕਰੇ ਖੁਆਰੀ ॥੬॥ ਸੋ ਸੰਨਿਆਸੀ ਜੋ ਸਤਿਗੁਰ ਸੇਵੈ ਵਿਚਹੁ ਆਪੁ ਗਵਾਏ ॥ ਛਾਦਨ ਭੋਜਨ ਕੀ ਆਸ ਨ ਕਰਈ ਅਚਿੰਤੁ ਮਿਲੈ ਸੋ ਪਾਏ ॥ ਬਕੈ ਨ ਬੋਲੈ ਖਿਮਾ ਧਨੁ ਸੰਗ੍ਰਹੈ ਤਾਮਸੁ ਨਾਮਿ ਜਲਾਏ ॥ ਧਨੁ ਗਿਰਹੀ ਸੰਨਿਆਸੀ ਜੋਗੀ ਜਿ ਹਰਿ ਚਰਣੀ ਚਿਤੁ ਲਾਏ ॥੭॥ ਆਸ ਨਿਰਾਸ ਰਹੈ ਸੰਨਿਆਸੀ ਏਕਸੁ ਸਿਉ ਲਿਵ ਲਾਏ ॥ ਹਰਿ ਰਸੁ ਪੀਵੈ ਤਾ ਸਾਤਿ ਆਵੈ ਨਿਜ ਘਰਿ ਤਾੜੀ ਲਾਏ ॥ ਮਨੂਆ ਨ ਡੋਲੈ ਗੁਰਮੁਖਿ ਬੂਝੈ ਧਾਵਤੁ ਵਰਜਿ ਰਹਾਏ ॥ ਗ੍ਰਿਹੁ ਸਰੀਰੁ ਗੁਰਮਤੀ ਖੋਜੇ ਨਾਮੁ ਪਦਾਰਥੁ ਪਾਏ ॥੮॥ ਬ੍ਰਹਮਾ ਬਿਸਨੁ ਮਹੇਸੁ ਸਰੇਸਟ ਨਾਮਿ ਰਤੇ ਵੀਚਾਰੀ ॥

ਖਾਣੀ ਬਾਣੀ ਗਗਨ ਪਤਾਲੀ ਜੰਤਾ ਜੋਤਿ ਤੁਮਾਰੀ ॥ ਸਭਿ ਸੁਖ ਮੁਕਤਿ ਨਾਮ ਧੁਨਿ ਬਾਣੀ ਸਚੁ ਨਾਮੁ ਉਰ ਧਾਰੀ ॥ ਨਾਮ ਬਿਨਾ ਨਹੀ ਛੂਟਸਿ ਨਾਨਕ ਸਾਚੀ ਤਰੁ ਤੂ ਤਾਰੀ ॥੯॥੭॥ ਮਾਰੂ ਮਹਲਾ ੧ ॥ ਮਾਤ ਪਿਤਾ ਸੰਜੋਗਿ ਉਪਾਏ ਰਕਤੁ ਬਿੰਦੁ ਮਿਲਿ ਪਿੰਡੁ ਕਰੇ ॥ ਅੰਤਰਿ ਗਰਭ ਉਰਧਿ ਲਿਵ ਲਾਗੀ ਸੋ ਪ੍ਰਭੁ ਸਾਰੇ ਦਾਤਿ ਕਰੇ ॥੧॥ ਸੰਸਾਰੁ ਭਵਜਲੁ ਕਿਉ ਤਰੈ ॥ ਗੁਰਮੁਖਿ ਨਾਮੁ ਨਿਰੰਜਨੁ ਪਾਈਐ ਅਫਰਿਓ ਭਾਰੁ ਅਫਾਰੁ ਟਰੈ ॥੧॥ ਰਹਾਉ ॥ ਤੇ ਗੁਣ ਵਿਸਰਿ ਗਏ ਅਪਰਾਧੀ ਮੈ ਬਉਰਾ ਕਿਆ ਕਰਉ ਹਰੇ ॥ ਤੂ ਦਾਤਾ ਦਇਆਲੁ ਸਭੈ ਸਿਰਿ ਅਹਿਨਿਸਿ ਦਾਤਿ ਸਮਾਰਿ ਕਰੇ ॥੨॥ ਚਾਰਿ ਪਦਾਰਥ ਲੈ ਜਗਿ ਜਨਮਿਆ ਸਿਵ ਸਕਤੀ ਘਰਿ ਵਾਸੁ ਧਰੇ ॥ ਲਾਗੀ ਭੂਖ ਮਾਇਆ ਮਗੁ ਜੋਹੈ ਮੁਕਤਿ ਪਦਾਰਥੁ ਮੋਹਿ ਖਰੇ ॥੩॥ ਕਰਣ ਪਲਾਵ ਕਰੇ ਨਹੀ ਪਾਵੈ ਇਤ ਉਤ ਢੂਢਤ ਥਾਕਿ ਪਰੇ ॥ ਕਾਮਿ ਕ੍ਰੋਧਿ ਅਹੰਕਾਰਿ ਵਿਆਪੇ ਕੂੜ ਕੁਟੰਬ ਸਿਉ ਪ੍ਰੀਤਿ ਕਰੇ ॥੪॥ ਖਾਵੈ ਭੋਗੈ ਸੁਣਿ ਸੁਣਿ ਦੇਖੈ ਪਹਿਰਿ ਦਿਖਾਵੈ ਕਾਲ ਘਰੇ ॥ ਬਿਨੁ ਗੁਰ ਸਬਦ ਨ ਆਪੁ ਪਛਾਣੈ ਬਿਨੁ ਹਰਿ ਨਾਮ ਨ ਕਾਲੁ ਟਰੇ ॥੫॥ ਜੇਤਾ ਮੋਹੁ ਹਉਮੈ ਕਰਿ ਭੂਲੇ ਮੇਰੀ ਮੇਰੀ ਕਰਤੇ ਛੀਨਿ ਖਰੇ ॥ ਤਨੁ ਧਨੁ ਬਿਨਸੈ ਸਹਸੈ ਸਹਸਾ ਫਿਰਿ ਪਛੁਤਾਵੈ ਮੁਖਿ ਧੂਰਿ ਪਰੇ ॥੬॥ ਬਿਰਧਿ ਭਇਆ ਜੋਬਨੁ ਤਨੁ ਖਿਸਿਆ ਕਫੁ ਕੰਠੁ ਬਿਰੂਧੋ ਨੈਨਹੁ ਨੀਰੁ ਢਰੇ ॥ ਚਰਣ ਰਹੇ ਕਰ ਕੰਪਣ ਲਾਗੇ ਸਾਕਤ ਰਾਮੁ ਨ ਰਿਦੈ ਹਰੇ ॥੭॥ ਸੁਰਤਿ ਗਈ ਕਾਲੀ ਹੂ ਧਉਲੇ ਕਿਸੈ ਨ ਭਾਵੈ ਰਖਿਓ ਘਰੇ ॥ ਬਿਸਰਤ ਨਾਮ ਐਸੇ ਦੋਖ ਲਾਗਹਿ ਜਮੁ ਮਾਰਿ ਸਮਾਰੇ ਨਰਕਿ ਖਰੇ ॥੮॥ ਪੂਰਬ ਜਨਮ ਕੋ ਲੇਖੁ ਨ ਮਿਟਈ ਜਨਮਿ ਮਰੈ ਕਾ ਕਉ ਦੋਸੁ ਧਰੇ ॥ ਬਿਨੁ ਗੁਰ ਬਾਦਿ ਜੀਵਣੁ ਹੋਰੁ ਮਰਣਾ ਬਿਨੁ ਗੁਰ ਸਬਦੈ ਜਨਮੁ ਜਰੇ ॥੯॥ ਖੁਸੀ ਖੁਆਰ ਭਏ ਰਸ ਭੋਗਣ ਫੋਕਟ ਕਰਮ ਵਿਕਾਰ ਕਰੇ ॥ ਨਾਮੁ ਬਿਸਾਰਿ ਲੋਭਿ ਮੂਲੁ ਖੋਇਓ ਸਿਰਿ ਧਰਮ ਰਾਇ ਕਾ ਡੰਡੁ ਪਰੇ ॥੧੦॥ ਗੁਰਮੁਖਿ ਰਾਮ ਨਾਮ ਗੁਣ ਗਾਵਹਿ ਜਾ ਕਉ ਹਰਿ ਪ੍ਰਭੁ ਨਦਰਿ ਕਰੇ ॥ ਤੇ ਨਿਰਮਲ ਪੁਰਖ ਅਪਰੰਪਰ ਪੂਰੇ ਤੇ ਜਗ ਮਹਿ ਗੁਰ ਗੋਵਿੰਦ ਹਰੇ ॥੧੧॥ ਹਰਿ ਸਿਮਰਹੁ ਗੁਰ ਬਚਨ ਸਮਾਰਹੁ ਸੰਗਤਿ ਹਰਿ ਜਨ ਭਾਉ ਕਰੇ ॥ ਹਰਿ ਜਨ ਗੁਰੁ ਪਰਧਾਨੁ ਦੁਆਰੈ ਨਾਨਕ ਤਿਨ ਜਨ ਕੀ ਰੇਣੁ ਹਰੇ ॥੧੨॥੮॥

ਮਾਰੂ ਕਾਫੀ ਮਹਲਾ ੧

ਅੰਗ 1014 ਤੋਂ ਮਾਰੂ ਕਾਫੀ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 1015 ਤੱਕ ਹੈ।

ੴ ਸਤਿਗੁਰ ਪ੍ਰਸਾਦਿ ॥

ਮਾਰੂ ਕਾਫੀ ਮਹਲਾ ੧ ਘਰੁ ੨ ॥ ਆਵਉ ਵੰਞਉ ਡੁੰਮਣੀ ਕਿਤੀ ਮਿਤ੍ਰ ਕਰੇਉ ॥ ਸਾ ਧਨ ਢੋਈ ਨ ਲਹੈ ਵਾਢੀ ਕਿਉ ਧੀਰੇਉ ॥੧॥ ਮੈਡਾ ਮਨੁ ਰਤਾ ਆਪਨੜੇ ਪਿਰ ਨਾਲਿ ॥ ਹਉ ਘੋਲਿ ਘੁਮਾਈ ਖੰਨੀਐ ਕੀਤੀ ਹਿਕ ਭੋਰੀ ਨਦਰਿ ਨਿਹਾਲਿ ॥੧॥ ਰਹਾਉ ॥ ਪੇਈਅੜੈ ਡੋਹਾਗਣੀ ਸਾਹੁਰੜੈ ਕਿਉ ਜਾਉ ॥ ਮੈ ਗਲਿ ਅਉਗਣ ਮੁਠੜੀ ਬਿਨੁ ਪਿਰ ਝੂਰਿ ਮਰਾਉ ॥੨॥ ਪੇਈਅੜੈ ਪਿਰੁ ਸੰਮਲਾ ਸਾਹੁਰੜੈ ਘਰਿ ਵਾਸੁ ॥ ਸੁਖਿ ਸਵੰਧਿ ਸੋਹਾਗਣੀ ਪਿਰੁ ਪਾਇਆ ਗੁਣਤਾਸੁ ॥੩॥ ਲੇਫੁ ਨਿਹਾਲੀ ਪਟ ਕੀ ਕਾਪੜੁ ਅੰਗਿ ਬਣਾਇ ॥ ਪਿਰੁ ਮੁਤੀ ਡੋਹਾਗਣੀ ਤਿਨ ਡੁਖੀ ਰੈਣਿ ਵਿਹਾਇ ॥੪॥ ਕਿਤੀ ਚਖਉ ਸਾਡੜੇ ਕਿਤੀ ਵੇਸ ਕਰੇਉ ॥ ਪਿਰ ਬਿਨੁ ਜੋਬਨੁ ਬਾਦਿ ਗਇਅਮੁ ਵਾਢੀ ਝੂਰੇਦੀ ਝੂਰੇਉ ॥੫॥ ਸਚੇ ਸੰਦਾ ਸਦੜਾ ਸੁਣੀਐ ਗੁਰ ਵੀਚਾਰਿ ॥ ਸਚੇ ਸਚਾ ਬੈਹਣਾ ਨਦਰੀ ਨਦਰਿ ਪਿਆਰਿ ॥੬॥ ਗਿਆਨੀ ਅੰਜਨੁ ਸਚ ਕਾ ਡੇਖੈ ਡੇਖਣਹਾਰੁ ॥ ਗੁਰਮੁਖਿ ਬੂਝੈ ਜਾਣੀਐ ਹਉਮੈ ਗਰਬੁ ਨਿਵਾਰਿ ॥੭॥ ਤਉ ਭਾਵਨਿ ਤਉ ਜੇਹੀਆ ਮੂ ਜੇਹੀਆ ਕਿਤੀਆਹ ॥ ਨਾਨਕ ਨਾਹੁ ਨ ਵੀਛੁੜੈ ਤਿਨ ਸਚੈ ਰਤੜੀਆਹ ॥੮॥੧॥੯॥ ਮਾਰੂ ਮਹਲਾ ੧ ॥ ਨਾ ਭੈਣਾ ਭਰਜਾਈਆ ਨਾ ਸੇ ਸਸੁੜੀਆਹ ॥ ਸਚਾ ਸਾਕੁ ਨ ਤੁਟਈ ਗੁਰੁ ਮੇਲੇ ਸਹੀਆਹ ॥੧॥ ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ ॥ ਗੁਰ ਬਿਨੁ ਏਤਾ ਭਵਿ ਥਕੀ ਗੁਰਿ ਪਿਰੁ ਮੇਲਿਮੁ ਦਿਤਮੁ ਮਿਲਾਇ ॥੧॥ ਰਹਾਉ ॥ ਫੁਫੀ ਨਾਨੀ ਮਾਸੀਆ ਦੇਰ ਜੇਠਾਨੜੀਆਹ ॥ ਆਵਨਿ ਵੰਞਨਿ

ਨਾ ਰਹਨਿ ਪੂਰ ਭਰੇ ਪਹੀਆਹ ॥੨॥ ਮਾਮੇ ਤੈ ਮਾਮਾਣੀਆ ਭਾਇਰ ਬਾਪ ਨ ਮਾਉ ॥ ਸਾਥ ਲਡੇ ਤਿਨ ਨਾਠੀਆ ਭੀੜ ਘਣੀ ਦਰੀਆਉ ॥੩॥ ਸਾਚਉ ਰੰਗਿ ਰੰਗਾਵਲੋ ਸਖੀ ਹਮਾਰੋ ਕੰਤੁ ॥ ਸਚਿ ਵਿਛੋੜਾ ਨਾ ਥੀਐ ਸੋ ਸਹੁ ਰੰਗਿ ਰਵੰਤੁ ॥੪॥ ਸਭੇ ਰੁਤੀ ਚੰਗੀਆ ਜਿਤੁ ਸਚੇ ਸਿਉ ਨੇਹੁ ॥ ਸਾ ਧਨ ਕੰਤੁ ਪਛਾਣਿਆ ਸੁਖਿ ਸੁਤੀ ਨਿਸਿ ਡੇਹੁ ॥੫॥ ਪਤਣਿ ਕੂਕੇ ਪਾਤਣੀ ਵੰਞਹੁ ਧ੍ਰੁਕਿ ਵਿਲਾੜਿ ॥ ਪਾਰਿ ਪਵੰਦੜੇ ਡਿਠੁ ਮੈ ਸਤਿਗੁਰ ਬੋਹਿਥਿ ਚਾੜਿ ॥੬॥ ਹਿਕਨੀ ਲਦਿਆ ਹਿਕਿ ਲਦਿ ਗਏ ਹਿਕਿ ਭਾਰੇ ਭਰ ਨਾਲਿ ॥ ਜਿਨੀ ਸਚੁ ਵਣੰਜਿਆ ਸੇ ਸਚੇ ਪ੍ਰਭ ਨਾਲਿ ॥੭॥ ਨਾ ਹਮ ਚੰਗੇ ਆਖੀਅਹ ਬੁਰਾ ਨ ਦਿਸੈ ਕੋਇ ॥ ਨਾਨਕ ਹਉਮੈ ਮਾਰੀਐ ਸਚੇ ਜੇਹੜਾ ਸੋਇ ॥੮॥੨॥੧੦॥ ਮਾਰੂ ਮਹਲਾ ੧ ॥ ਨਾ ਜਾਣਾ ਮੂਰਖੁ ਹੈ ਕੋਈ ਨਾ ਜਾਣਾ ਸਿਆਣਾ ॥ ਸਦਾ ਸਾਹਿਬ ਕੈ ਰੰਗੇ ਰਾਤਾ ਅਨਦਿਨੁ ਨਾਮੁ ਵਖਾਣਾ ॥੧॥ ਬਾਬਾ ਮੂਰਖੁ ਹਾ ਨਾਵੈ ਬਲਿ ਜਾਉ ॥ ਤੂ ਕਰਤਾ ਤੂ ਦਾਨਾ ਬੀਨਾ ਤੇਰੈ ਨਾਮਿ ਤਰਾਉ ॥੧॥ ਰਹਾਉ ॥ ਮੂਰਖੁ ਸਿਆਣਾ ਏਕੁ ਹੈ ਏਕ ਜੋਤਿ ਦੁਇ ਨਾਉ ॥ ਮੂਰਖਾ ਸਿਰਿ ਮੂਰਖੁ ਹੈ ਜਿ ਮੰਨੇ ਨਾਹੀ ਨਾਉ ॥੨॥ ਗੁਰ ਦੁਆਰੈ ਨਾਉ ਪਾਈਐ ਬਿਨੁ ਸਤਿਗੁਰ ਪਲੈ ਨ ਪਾਇ ॥ ਸਤਿਗੁਰ ਕੈ ਭਾਣੈ ਮਨਿ ਵਸੈ ਤਾ ਅਹਿਨਿਸਿ ਰਹੈ ਲਿਵ ਲਾਇ ॥੩॥ ਰਾਜੰ ਰੰਗੰ ਰੂਪੰ ਮਾਲੰ ਜੋਬਨੁ ਤੇ ਜੂਆਰੀ ॥ ਹੁਕਮੀ ਬਾਧੇ ਪਾਸੈ ਖੇਲਹਿ ਚਉਪੜਿ ਏਕਾ ਸਾਰੀ ॥੪॥ ਜਗਿ ਚਤੁਰੁ ਸਿਆਣਾ ਭਰਮਿ ਭੁਲਾਣਾ ਨਾਉ ਪੰਡਿਤ ਪੜਹਿ ਗਾਵਾਰੀ ॥ ਨਾਉ ਵਿਸਾਰਹਿ ਬੇਦੁ ਸਮਾਲਹਿ ਬਿਖੁ ਭੂਲੇ ਲੇਖਾਰੀ ॥੫॥ ਕਲਰ ਖੇਤੀ ਤਰਵਰ ਕੰਠੇ ਬਾਗਾ ਪਹਿਰਹਿ ਕਜਲੁ ਝਰੈ ॥ ਏਹੁ ਸੰਸਾਰੁ ਤਿਸੈ ਕੀ ਕੋਠੀ ਜੋ ਪੈਸੈ ਸੋ ਗਰਬਿ ਜਰੈ ॥੬॥ ਰਯਤਿ ਰਾਜੇ ਕਹਾ ਸਬਾਏ ਦੁਹੁ ਅੰਤਰਿ ਸੋ ਜਾਸੀ ॥ ਕਹਤ ਨਾਨਕੁ ਗੁਰ ਸਚੇ ਕੀ ਪਉੜੀ ਰਹਸੀ ਅਲਖੁ ਨਿਵਾਸੀ ॥੭॥੩॥੧੧॥

ਅੰਗ 1016 ਤੋਂ ਮਾਰੂ ਮਹਲਾ ੩ ਘਰੁ ੫ ਅਸਟਪਦੀ ਬਾਣੀ ਸ਼ੁਰੂ ਹੁੰਦੀ ਹੈ, ਜੋ ਅੰਗ ਮਾਰੂ ਮਹਲਾ ੫ ਘਰੁ ੮ ਅਮਜੁਲੀਆ ਅੰਗ 1020 ਤੱਕ ਹੈ।

ਮਾਰੂ ਸੋਲਹੇ ਮਹਲਾ ੧

ਅੰਗ 1020 ਤੋਂ ਮਾਰੂ ਸੋਲਹੇ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਅੰਗ 1043 ਤੱਕ ਹੈ।

ਮਾਰੂ ਸੋਲਹੇ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਸਾਚਾ ਸਚੁ ਸੋਈ ਅਵਰੁ ਨ ਕੋਈ ॥ ਜਿਨਿ ਸਿਰਜੀ ਤਿਨ ਹੀ ਫੁਨਿ ਗੋਈ ॥ ਜਿਉ ਭਾਵੈ ਤਿਉ ਰਾਖਹੁ ਰਹਣਾ ਤੁਮ ਸਿਉ ਕਿਆ ਮੁਕਰਾਈ ਹੇ ॥੧॥ ਆਪਿ ਉਪਾਏ ਆਪਿ ਖਪਾਏ ॥ ਆਪੇ ਸਿਰਿ ਸਿਰਿ ਧੰਧੈ ਲਾਏ ॥ ਆਪੇ ਵੀਚਾਰੀ ਗੁਣਕਾਰੀ ਆਪੇ ਮਾਰਗਿ ਲਾਈ ਹੇ ॥੨॥ ਆਪੇ ਦਾਨਾ ਆਪੇ ਬੀਨਾ ॥ ਆਪੇ ਆਪੁ ਉਪਾਇ ਪਤੀਨਾ ॥ ਆਪੇ ਪਉਣੁ ਪਾਣੀ ਬੈਸੰਤਰੁ ਆਪੇ ਮੇਲਿ ਮਿਲਾਈ ਹੇ ॥੩॥ ਆਪੇ ਸਸਿ ਸੂਰਾ ਪੂਰੋ ਪੂਰਾ ॥ ਆਪੇ ਗਿਆਨਿ ਧਿਆਨਿ ਗੁਰ ਸੂਰਾ ॥ ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਾਚੇ ਸਿਉ ਲਿਵ ਲਾਈ ਹੇ ॥੪॥ ਆਪੇ ਪੁਰਖੁ ਆਪੇ ਹੀ ਨਾਰੀ ॥ ਆਪੇ ਪਾਸਾ ਆਪੇ ਸਾਰੀ ॥ ਆਪੇ ਪਿੜ ਬਾਧੀ ਜਗੁ ਖੇਲੈ ਆਪੇ ਕੀਮਤਿ ਪਾਈ ਹੇ ॥੫॥ ਆਪੇ ਭਵਰੁ ਫੁਲੁ ਫਲੁ ਤਰਵਰੁ ॥ ਆਪੇ ਜਲੁ ਥਲੁ ਸਾਗਰੁ ਸਰਵਰੁ ॥ ਆਪੇ ਮਛੁ ਕਛੁ ਕਰਣੀਕਰੁ ਤੇਰਾ ਰੂਪੁ ਨ ਲਖਣਾ ਜਾਈ ਹੇ ॥੬॥ ਆਪੇ ਦਿਨਸੁ ਆਪੇ ਹੀ ਰੈਣੀ ॥ ਆਪਿ ਪਤੀਜੈ ਗੁਰ ਕੀ ਬੈਣੀ ॥ ਆਦਿ ਜੁਗਾਦਿ ਅਨਾਹਦਿ ਅਨਦਿਨੁ ਘਟਿ ਘਟਿ ਸਬਦੁ ਰਜਾਈ ਹੇ ॥੭॥ ਆਪੇ ਰਤਨੁ ਅਨੂਪੁ ਅਮੋਲੋ ॥ ਆਪੇ ਪਰਖੇ ਪੂਰਾ ਤੋਲੋ ॥ ਆਪੇ ਕਿਸ ਹੀ ਕਸਿ ਬਖਸੇ ਆਪੇ ਦੇ ਲੈ ਭਾਈ ਹੇ ॥੮॥ ਆਪੇ ਧਨਖੁ ਆਪੇ ਸਰਬਾਣਾ ॥ ਆਪੇ ਸੁਘੜੁ ਸਰੂਪੁ ਸਿਆਣਾ ॥ ਕਹਤਾ ਬਕਤਾ ਸੁਣਤਾ ਸੋਈ ਆਪੇ ਬਣਤ ਬਣਾਈ ਹੇ ॥੯॥ ਪਉਣੁ ਗੁਰੂ ਪਾਣੀ ਪਿਤ ਜਾਤਾ ॥ ਉਦਰ ਸੰਜੋਗੀ ਧਰਤੀ ਮਾਤਾ ॥ ਰੈਣਿ ਦਿਨਸੁ ਦੁਇ ਦਾਈ ਦਾਇਆ ਜਗੁ ਖੇਲੈ ਖੇਲਾਈ ਹੇ

॥੧੦॥ ਆਪੇ ਮਛੁਲੀ ਆਪੇ ਜਾਲਾ ॥ ਆਪੇ ਗਊ ਆਪੇ ਰਖਵਾਲਾ ॥ ਸਰਬ ਜੀਆ ਜਗਿ ਜੋਤਿ ਤੁਮਾਰੀ ਜੈਸੀ ਪ੍ਰਭਿ ਫੁਰਮਾਈ ਹੇ ॥੧੧॥ ਆਪੇ ਜੋਗੀ ਆਪੇ ਭੋਗੀ ॥ ਆਪੇ ਰਸੀਆ ਪਰਮ ਸੰਜੋਗੀ ॥ ਆਪੇ ਵੇਬਾਣੀ ਨਿਰੰਕਾਰੀ ਨਿਰਭਉ ਤਾੜੀ ਲਾਈ ਹੇ ॥੧੨॥ ਖਾਣੀ ਬਾਣੀ ਤੁਝਹਿ ਸਮਾਣੀ ॥ ਜੋ ਦੀਸੈ ਸਭ ਆਵਣ ਜਾਣੀ ॥ ਸੇਈ ਸਾਹ ਸਚੇ ਵਾਪਾਰੀ ਸਤਿਗੁਰਿ ਬੂਝ ਬੁਝਾਈ ਹੇ ॥੧੩॥ ਸਬਦੁ ਬੁਝਾਏ ਸਤਿਗੁਰੁ ਪੂਰਾ ॥ ਸਰਬ ਕਲਾ ਸਾਚੇ ਭਰਪੂਰਾ ॥ ਅਫਰਿਓ ਵੇਪਰਵਾਹੁ ਸਦਾ ਤੂ ਨਾ ਤਿਸੁ ਤਿਲੁ ਨ ਤਮਾਈ ਹੇ ॥੧੪॥ ਕਾਲੁ ਬਿਕਾਲੁ ਭਏ ਦੇਵਾਨੇ ॥ ਸਬਦੁ ਸਹਜ ਰਸੁ ਅੰਤਰਿ ਮਾਨੇ ॥ ਆਪੇ ਮੁਕਤਿ ਤ੍ਰਿਪਤਿ ਵਰਦਾਤਾ ਭਗਤਿ ਭਾਇ ਮਨਿ ਭਾਈ ਹੇ ॥੧੫॥ ਆਪਿ ਨਿਰਾਲਮੁ ਗੁਰ ਗਮ ਗਿਆਨਾ ॥ ਜੋ ਦੀਸੈ ਤੁਝ ਮਾਹਿ ਸਮਾਨਾ ॥ ਨਾਨਕੁ ਨੀਚੁ ਭਿਖਿਆ ਦਰਿ ਜਾਚੈ ਮੈ ਦੀਜੈ ਨਾਮੁ ਵਡਾਈ ਹੇ ॥੧੬॥੧॥ ਮਾਰੂ ਮਹਲਾ ੧ ॥ ਆਪੇ ਧਰਤੀ ਧਉਲੁ ਅਕਾਸੰ ॥ ਆਪੇ ਸਾਚੇ ਗੁਣ ਪਰਗਾਸੰ ॥ ਜਤੀ ਸਤੀ ਸੰਤੋਖੀ ਆਪੇ ਆਪੇ ਕਾਰ ਕਮਾਈ ਹੇ ॥੧॥ ਜਿਸੁ ਕਰਣਾ ਸੋ ਕਰਿ ਕਰਿ ਵੇਖੈ ॥ ਕੋਇ ਨ ਮੇਟੈ ਸਾਚੇ ਲੇਖੈ ॥ ਆਪੇ ਕਰੇ ਕਰਾਏ ਆਪੇ ਆਪੇ ਦੇ ਵਡਿਆਈ ਹੇ ॥੨॥ ਪੰਚ ਚੋਰ ਚੰਚਲ ਚਿਤੁ ਚਾਲਹਿ ॥ ਪਰ ਘਰ ਜੋਹਹਿ ਘਰੁ ਨਹੀ ਭਾਲਹਿ ॥ ਕਾਇਆ ਨਗਰੁ ਢਹੈ ਢਹਿ ਢੇਰੀ ਬਿਨੁ ਸਬਦੈ ਪਤਿ ਜਾਈ ਹੇ ॥੩॥ ਗੁਰ ਤੇ ਬੂਝੈ ਤ੍ਰਿਭਵਣੁ ਸੂਝੈ ॥ ਮਨਸਾ ਮਾਰਿ ਮਨੈ ਸਿਉ ਲੂਝੈ ॥ ਜੋ ਤੁਧੁ ਸੇਵਹਿ ਸੇ ਤੁਧ ਹੀ ਜੇਹੇ ਨਿਰਭਉ ਬਾਲ ਸਖਾਈ ਹੇ ॥੪॥ ਆਪੇ ਸੁਰਗੁ ਮਛੁ ਪਇਆਲਾ ॥ ਆਪੇ ਜੋਤਿ ਸਰੂਪੀ ਬਾਲਾ ॥ ਜਟਾ ਬਿਕਟ ਬਿਕਰਾਲ ਸਰੂਪੀ ਰੂਪੁ ਨ ਰੇਖਿਆ ਕਾਈ ਹੇ ॥੫॥ ਬੇਦ ਕਤੇਬੀ ਭੇਦੁ ਨ ਜਾਤਾ ॥ ਨਾ ਤਿਸੁ ਮਾਤ ਪਿਤਾ ਸੁਤ ਭ੍ਰਾਤਾ ॥ ਸਗਲੇ ਸੈਲ ਉਪਾਇ ਸਮਾਏ ਅਲਖੁ ਨ ਲਖਣਾ ਜਾਈ ਹੇ ॥੬॥ ਕਰਿ ਕਰਿ ਥਾਕੀ ਮੀਤ ਘਨੇਰੇ ॥ ਕੋਇ ਨ ਕਾਟੈ ਅਵਗੁਣ ਮੇਰੇ ॥ ਸੁਰਿ ਨਰ ਨਾਥੁ ਸਾਹਿਬੁ ਸਭਨਾ ਸਿਰਿ ਭਾਇ ਮਿਲੈ ਭਉ ਜਾਈ ਹੇ ॥੭॥ ਭੂਲੇ ਚੂਕੇ ਮਾਰਗਿ ਪਾਵਹਿ ॥ ਆਪਿ ਭੁਲਾਇ ਤੂਹੈ ਸਮਝਾਵਹਿ ॥ ਬਿਨੁ ਨਾਵੈ ਮੈ ਅਵਰੁ ਨ ਦੀਸੈ ਨਾਵਹੁ ਗਤਿ ਮਿਤਿ ਪਾਈ ਹੇ ॥੮॥ ਗੰਗਾ ਜਮੁਨਾ ਕੇਲ ਕੇਦਾਰਾ ॥ ਕਾਸੀ ਕਾਂਤੀ ਪੁਰੀ ਦੁਆਰਾ ॥ ਗੰਗਾ ਸਾਗਰੁ ਬੇਣੀ ਸੰਗਮੁ ਅਠਸਠਿ ਅੰਕਿ ਸਮਾਈ ਹੇ ॥੯॥ ਆਪੇ ਸਿਧ ਸਾਧਿਕੁ ਵੀਚਾਰੀ ॥ ਆਪੇ ਰਾਜਨੁ ਪੰਚਾ ਕਾਰੀ ॥ ਤਖਤਿ ਬਹੈ ਅਦਲੀ

ਪ੍ਰਭੁ ਆਪੇ ਭਰਮੁ ਭੇਦੁ ਭਉ ਜਾਈ ਹੇ ॥੧੦॥ ਆਪੇ ਕਾਜੀ ਆਪੇ ਮੁਲਾ ॥ ਆਪਿ ਅਭੁਲੁ ਨ ਕਬਹੂ ਭੁਲਾ ॥ ਆਪੇ ਮਿਹਰ ਦਇਆਪਤਿ ਦਾਤਾ ਨਾ ਕਿਸੈ ਕੋ ਬੈਰਾਈ ਹੇ ॥੧੧॥ ਜਿਸੁ ਬਖਸੇ ਤਿਸੁ ਦੇ ਵਡਿਆਈ ॥ ਸਭਸੈ ਦਾਤਾ ਤਿਲੁ ਨ ਤਮਾਈ ॥ ਭਰਪੁਰਿ ਧਾਰਿ ਰਹਿਆ ਨਿਹਕੇਵਲੁ ਗੁਪਤੁ ਪ੍ਰਗਟੁ ਸਭ ਠਾਈ ਹੇ ॥੧੨॥ ਕਿਆ ਸਾਲਾਹੀ ਅਗਮ ਅਪਾਰੈ ॥ ਸਾਚੇ ਸਿਰਜਣਹਾਰ ਮੁਰਾਰੈ ॥ ਜਿਸ ਨੋ ਨਦਰਿ ਕਰੇ ਤਿਸੁ ਮੇਲੇ ਮੇਲਿ ਮਿਲੈ ਮੇਲਾਈ ਹੇ ॥੧੩॥ ਬ੍ਰਹਮਾ ਬਿਸਨੁ ਮਹੇਸੁ ਦੁਆਰੈ ॥ ਊਭੇ ਸੇਵਹਿ ਅਲਖ ਅਪਾਰੈ ॥ ਹੋਰ ਕੇਤੀ ਦਰਿ ਦੀਸੈ ਬਿਲਲਾਦੀ ਮੈ ਗਣਤ ਨ ਆਵੈ ਕਾਈ ਹੇ ॥੧੪॥ ਸਾਚੀ ਕੀਰਤਿ ਸਾਚੀ ਬਾਣੀ ॥ ਹੋਰ ਨ ਦੀਸੈ ਬੇਦ ਪੁਰਾਣੀ ॥ ਪੂੰਜੀ ਸਾਚੁ ਸਚੇ ਗੁਣ ਗਾਵਾ ਮੈ ਧਰ ਹੋਰ ਨ ਕਾਈ ਹੇ ॥੧੫॥ ਜੁਗੁ ਜੁਗੁ ਸਾਚਾ ਹੈ ਭੀ ਹੋਸੀ ॥ ਕਉਣੁ ਨ ਮੂਆ ਕਉਣੁ ਨ ਮਰਸੀ ॥ ਨਾਨਕੁ ਨੀਚੁ ਕਹੈ ਬੇਨੰਤੀ ਦਰਿ ਦੇਖਹੁ ਲਿਵ ਲਾਈ ਹੇ ॥੧੬॥੨॥ ਮਾਰੂ ਮਹਲਾ ੧ ॥ ਦੂਜੀ ਦੁਰਮਤਿ ਅੰਨੀ ਬੋਲੀ ॥ ਕਾਮ ਕ੍ਰੋਧ ਕੀ ਕਚੀ ਚੋਲੀ ॥ ਘਰਿ ਵਰੁ ਸਹਜੁ ਨ ਜਾਣੈ ਛੋਹਰਿ ਬਿਨੁ ਪਿਰ ਨੀਦ ਨ ਪਾਈ ਹੇ ॥੧॥ ਅੰਤਰਿ ਅਗਨਿ ਜਲੈ ਭੜਕਾਰੇ ॥ ਮਨਮੁਖੁ ਤਕੇ ਕੁੰਡਾ ਚਾਰੇ ॥ ਬਿਨੁ ਸਤਿਗੁਰ ਸੇਵੇ ਕਿਉ ਸੁਖੁ ਪਾਈਐ ਸਾਚੇ ਹਾਥਿ ਵਡਾਈ ਹੇ ॥੨॥ ਕਾਮੁ ਕ੍ਰੋਧੁ ਅਹੰਕਾਰੁ ਨਿਵਾਰੇ ॥ ਤਸਕਰ ਪੰਚ ਸਬਦਿ ਸੰਘਾਰੇ ॥ ਗਿਆਨ ਖੜਗੁ ਲੈ ਮਨ ਸਿਉ ਲੂਝੈ ਮਨਸਾ ਮਨਹਿ ਸਮਾਈ ਹੇ ॥੩॥ ਮਾ ਕੀ ਰਕਤੁ ਪਿਤਾ ਬਿਦੁ ਧਾਰਾ ॥ ਮੂਰਤਿ ਸੂਰਤਿ ਕਰਿ ਆਪਾਰਾ ॥ ਜੋਤਿ ਦਾਤਿ ਜੇਤੀ ਸਭ ਤੇਰੀ ਤੂ ਕਰਤਾ ਸਭ ਠਾਈ ਹੇ ॥੪॥ ਤੁਝ ਹੀ ਕੀਆ ਜੰਮਣ ਮਰਣਾ ॥ ਗੁਰ ਤੇ ਸਮਝ ਪੜੀ ਕਿਆ ਡਰਣਾ ॥ ਤੂ ਦਇਆਲੁ ਦਇਆ ਕਰਿ ਦੇਖਹਿ ਦੁਖੁ ਦਰਦੁ ਸਰੀਰਹੁ ਜਾਈ ਹੇ ॥੫॥ ਨਿਜ ਘਰਿ ਬੈਸਿ ਰਹੇ ਭਉ ਖਾਇਆ ॥ ਧਾਵਤ ਰਾਖੇ ਠਾਕਿ ਰਹਾਇਆ ॥ ਕਮਲ ਬਿਗਾਸ ਹਰੇ ਸਰ ਸੁਭਰ ਆਤਮ ਰਾਮੁ ਸਖਾਈ ਹੇ ॥੬॥ ਮਰਣੁ ਲਿਖਾਇ ਮੰਡਲ ਮਹਿ ਆਏ ॥ ਕਿਉ ਰਹੀਐ ਚਲਣਾ ਪਰਥਾਏ ॥ ਸਚਾ ਅਮਰੁ ਸਚੇ ਅਮਰਾ ਪੁਰਿ ਸੋ ਸਚੁ ਮਿਲੈ ਵਡਾਈ ਹੇ ॥੭॥ ਆਪਿ ਉਪਾਇਆ ਜਗਤੁ ਸਬਾਇਆ ॥ ਜਿਨਿ ਸਿਰਿਆ ਤਿਨਿ ਧੰਧੈ ਲਾਇਆ ॥ ਸਚੈ ਊਪਰਿ ਅਵਰ ਨ ਦੀਸੈ ਸਾਚੇ ਕੀਮਤਿ ਪਾਈ ਹੇ ॥੮॥ ਐਥੈ ਗੋਇਲੜਾ ਦਿਨ ਚਾਰੇ ॥ ਖੇਲੁ ਤਮਾਸਾ ਧੁੰਧੂਕਾਰੇ ॥ ਬਾਜੀ ਖੇਲਿ ਗਏ ਬਾਜੀਗਰ ਜਿਉ ਨਿਸਿ ਸੁਪਨੈ ਭਖਲਾਈ ਹੇ

॥੯॥ ਤਿਨ ਕਉ ਤਖਤਿ ਮਿਲੀ ਵਡਿਆਈ ॥ ਨਿਰਭਉ ਮਨਿ ਵਸਿਆ ਲਿਵ ਲਾਈ ॥ ਖੰਡੀ ਬ੍ਰਹਮੰਡੀ ਪਾਤਾਲੀ ਪੁਰੀਈ ਤ੍ਰਿਭਵਣ ਤਾੜੀ ਲਾਈ ਹੇ ॥੧੦॥ ਸਾਚੀ ਨਗਰੀ ਤਖਤੁ ਸਚਾਵਾ ॥ ਗੁਰਮੁਖਿ ਸਾਚੁ ਮਿਲੈ ਸੁਖੁ ਪਾਵਾ ॥ ਸਾਚੇ ਸਾਚੈ ਤਖਤਿ ਵਡਾਈ ਹਉਮੈ ਗਣਤ ਗਵਾਈ ਹੇ ॥੧੧॥ ਗਣਤ ਗਣੀਐ ਸਹਸਾ ਜੀਐ ॥ ਕਿਉ ਸੁਖੁ ਪਾਵੈ ਦੂਐ ਤੀਐ ॥ ਨਿਰਮਲੁ ਏਕੁ ਨਿਰੰਜਨੁ ਦਾਤਾ ਗੁਰ ਪੂਰੇ ਤੇ ਪਤਿ ਪਾਈ ਹੇ ॥੧੨॥ ਜੁਗਿ ਜੁਗਿ ਵਿਰਲੀ ਗੁਰਮੁਖਿ ਜਾਤਾ ॥ ਸਾਚਾ ਰਵਿ ਰਹਿਆ ਮਨੁ ਰਾਤਾ ॥ ਤਿਸ ਕੀ ਓਟ ਗਹੀ ਸੁਖੁ ਪਾਇਆ ਮਨਿ ਤਨਿ ਮੈਲੁ ਨ ਕਾਈ ਹੇ ॥੧੩॥ ਜੀਭ ਰਸਾਇਣਿ ਸਾਚੈ ਰਾਤੀ ॥ ਹਰਿ ਪ੍ਰਭੁ ਸੰਗੀ ਭਉ ਨ ਭਰਾਤੀ ॥ ਸ੍ਰਵਣ ਸ੍ਰੋਤ ਰਜੇ ਗੁਰਬਾਣੀ ਜੋਤੀ ਜੋਤਿ ਮਿਲਾਈ ਹੇ ॥੧੪॥ ਰਖਿ ਰਖਿ ਪੈਰ ਧਰੇ ਪਉ ਧਰਣਾ ॥ ਜਤ ਕਤ ਦੇਖਉ ਤੇਰੀ ਸਰਣਾ ॥ ਦੁਖੁ ਸੁਖੁ ਦੇਹਿ ਤੂਹੈ ਮਨਿ ਭਾਵਹਿ ਤੁਝ ਹੀ ਸਿਉ ਬਣਿ ਆਈ ਹੇ ॥੧੫॥ ਅੰਤ ਕਾਲਿ ਕੋ ਬੇਲੀ ਨਾਹੀ ॥ ਗੁਰਮੁਖਿ ਜਾਤਾ ਤੁਧੁ ਸਾਲਾਹੀ ॥ ਨਾਨਕ ਨਾਮਿ ਰਤੇ ਬੈਰਾਗੀ ਨਿਜ ਘਰਿ ਤਾੜੀ ਲਾਈ ਹੇ ॥੧੬॥੩॥ ਮਾਰੂ ਮਹਲਾ ੧ ॥ ਆਦਿ ਜੁਗਾਦੀ ਅਪਰ ਅਪਾਰੇ ॥ ਆਦਿ ਨਿਰੰਜਨ ਖਸਮ ਹਮਾਰੇ ॥ ਸਾਚੇ ਜੋਗ ਜੁਗਤਿ ਵੀਚਾਰੀ ਸਾਚੇ ਤਾੜੀ ਲਾਈ ਹੇ ॥੧॥ ਕੇਤੜਿਆ ਜੁਗ ਧੁੰਧੂਕਾਰੈ ॥ ਤਾੜੀ ਲਾਈ ਸਿਰਜਣਹਾਰੈ ॥ ਸਚੁ ਨਾਮੁ ਸਚੀ ਵਡਿਆਈ ਸਾਚੈ ਤਖਤਿ ਵਡਾਈ ਹੇ ॥੨॥ ਸਤਜੁਗਿ ਸਤੁ ਸੰਤੋਖੁ ਸਰੀਰਾ ॥ ਸਤਿ ਸਤਿ ਵਰਤੈ ਗਹਿਰ ਗੰਭੀਰਾ ॥ ਸਚਾ ਸਾਹਿਬੁ ਸਚੁ ਪਰਖੈ ਸਾਚੈ ਹੁਕਮਿ ਚਲਾਈ ਹੇ ॥੩॥ ਸਤ ਸੰਤੋਖੀ ਸਤਿਗੁਰੁ ਪੂਰਾ ॥ ਗੁਰ ਕਾ ਸਬਦੁ ਮਨੇ ਸੋ ਸੂਰਾ ॥ ਸਾਚੀ ਦਰਗਹ ਸਾਚੁ ਨਿਵਾਸਾ ਮਾਨੈ ਹੁਕਮੁ ਰਜਾਈ ਹੇ ॥੪॥ ਸਤਜੁਗਿ ਸਾਚੁ ਕਹੈ ਸਭੁ ਕੋਈ ॥ ਸਚਿ ਵਰਤੈ ਸਾਚਾ ਸੋਈ ॥ ਮਨਿ ਮੁਖਿ ਸਾਚੁ ਭਰਮ ਭਉ ਭੰਜਨੁ ਗੁਰਮੁਖਿ ਸਾਚੁ ਸਖਾਈ ਹੇ ॥੫॥ ਤ੍ਰੇਤੈ ਧਰਮ ਕਲਾ ਇਕ ਚੂਕੀ ॥ ਤੀਨਿ ਚਰਣ ਇਕ ਦੁਬਿਧਾ ਸੂਕੀ ॥ ਗੁਰਮੁਖਿ ਹੋਵੈ ਸੁ ਸਾਚੁ ਵਖਾਣੈ ਮਨਮੁਖਿ ਪਚੈ ਅਵਾਈ ਹੇ ॥੬॥ ਮਨਮੁਖਿ ਕਦੇ ਨ ਦਰਗਹ ਸੀਝੈ ॥ ਬਿਨੁ ਸਬਦੈ ਕਿਉ ਅੰਤਰੁ ਰੀਝੈ ॥ ਬਾਧੇ ਆਵਹਿ ਬਾਧੇ ਜਾਵਹਿ ਸੋਝੀ ਬੂਝ ਨ ਕਾਈ ਹੇ ॥੭॥ ਦਇਆ ਦੁਆਪੁਰਿ ਅਧੀ ਹੋਈ ॥ ਗੁਰਮੁਖਿ ਵਿਰਲਾ ਚੀਨੈ ਕੋਈ ॥ ਦੁਇ ਪਗ ਧਰਮੁ ਧਰੇ ਧਰਣੀਧਰ ਗੁਰਮੁਖਿ ਸਾਚੁ ਤਿਥਾਈ ਹੇ ॥੮॥ ਰਾਜੇ ਧਰਮੁ ਕਰਹਿ ਪਰਥਾਏ ॥ ਆਸਾ

ਬੰਧੇ ਦਾਨੁ ਕਰਾਏ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਥਾਕੇ ਕਰਮ ਕਮਾਈ ਹੇ ॥੯॥ ਕਰਮ ਧਰਮ ਕਰਿ ਮੁਕਤਿ ਮੰਗਾਹੀ ॥ ਮੁਕਤਿ ਪਦਾਰਥੁ ਸਬਦਿ ਸਲਾਹੀ ॥ ਬਿਨੁ ਗੁਰ ਸਬਦੈ ਮੁਕਤਿ ਨ ਹੋਈ ਪਰਪੰਚੁ ਕਰਿ ਭਰਮਾਈ ਹੇ ॥੧੦॥ ਮਾਇਆ ਮਮਤਾ ਛੋਡੀ ਨ ਜਾਈ ॥ ਸੇ ਛੂਟੇ ਸਚੁ ਕਾਰ ਕਮਾਈ ॥ ਅਹਿਨਿਸਿ ਭਗਤਿ ਰਤੇ ਵੀਚਾਰੀ ਠਾਕੁਰ ਸਿਉ ਬਣਿ ਆਈ ਹੇ ॥੧੧॥ ਇਕਿ ਜਪ ਤਪ ਕਰਿ ਕਰਿ ਤੀਰਥ ਨਾਵਹਿ ॥ ਜਿਉ ਤੁਧੁ ਭਾਵੈ ਤਿਵੈ ਚਲਾਵਹਿ ॥ ਹਠਿ ਨਿਗ੍ਰਹਿ ਅਪਤੀਜੁ ਨ ਭੀਜੈ ਬਿਨੁ ਹਰਿ ਗੁਰ ਕਿਨਿ ਪਤਿ ਪਾਈ ਹੇ ॥੧੨॥ ਕਲੀ ਕਾਲ ਮਹਿ ਇਕ ਕਲ ਰਾਖੀ ॥ ਬਿਨੁ ਗੁਰ ਪੂਰੇ ਕਿਨੈ ਨ ਭਾਖੀ ॥ ਮਨਮੁਖਿ ਕੂੜੁ ਵਰਤੈ ਵਰਤਾਰਾ ਬਿਨੁ ਸਤਿਗੁਰ ਭਰਮੁ ਨ ਜਾਈ ਹੇ ॥੧੩॥ ਸਤਿਗੁਰੁ ਵੇਪਰਵਾਹੁ ਸਿਰੰਦਾ ॥ ਨਾ ਜਮ ਕਾਣਿ ਨ ਛੰਦਾ ਬੰਦਾ ॥ ਜੋ ਤਿਸੁ ਸੇਵੇ ਸੋ ਅਬਿਨਾਸੀ ਨਾ ਤਿਸੁ ਕਾਲੁ ਸੰਤਾਈ ਹੇ ॥੧੪॥ ਗੁਰ ਮਹਿ ਆਪੁ ਰਖਿਆ ਕਰਤਾਰੇ ॥ ਗੁਰਮੁਖਿ ਕੋਟਿ ਅਸੰਖ ਉਧਾਰੇ ॥ ਸਰਬ ਜੀਆ ਜਗਜੀਵਨੁ ਦਾਤਾ ਨਿਰਭਉ ਮੈਲੁ ਨ ਕਾਈ ਹੇ ॥੧੫॥ ਸਗਲੇ ਜਾਚਹਿ ਗੁਰ ਭੰਡਾਰੀ ॥ ਆਪਿ ਨਿਰੰਜਨੁ ਅਲਖ ਅਪਾਰੀ ॥ ਨਾਨਕੁ ਸਾਚੁ ਕਹੈ ਪ੍ਰਭ ਜਾਚੈ ਮੈ ਦੀਜੈ ਸਾਚੁ ਰਜਾਈ ਹੇ ॥੧੬॥ ੪॥ ਮਾਰੂ ਮਹਲਾ ੧ ॥ ਸਾਚੈ ਮੇਲੇ ਸਬਦਿ ਮਿਲਾਏ ॥ ਜਾ ਤਿਸੁ ਭਾਣਾ ਸਹਜਿ ਸਮਾਏ ॥ ਤ੍ਰਿਭਵਣ ਜੋਤਿ ਧਰੀ ਪਰਮੇਸਰਿ ਅਵਰੁ ਨ ਦੂਜਾ ਭਾਈ ਹੇ ॥੧॥ ਜਿਸ ਕੇ ਚਾਕਰ ਤਿਸ ਕੀ ਸੇਵਾ ॥ ਸਬਦਿ ਪਤੀਜੈ ਅਲਖ ਅਭੇਵਾ ॥ ਭਗਤਾ ਕਾ ਗੁਣਕਾਰੀ ਕਰਤਾ ਬਖਸਿ ਲਏ ਵਡਿਆਈ ਹੇ ॥੨॥ ਦੇਦੇ ਤੋਟਿ ਨ ਆਵੈ ਸਾਚੇ ॥ ਲੈ ਲੈ ਮੁਕਰਿ ਪਉਦੇ ਕਾਚੇ ॥ ਮੂਲੁ ਨ ਬੂਝਹਿ ਸਾਚਿ ਨ ਰੀਝਹਿ ਦੂਜੈ ਭਰਮਿ ਭੁਲਾਈ ਹੇ ॥੩॥ ਗੁਰਮੁਖਿ ਜਾਗਿ ਰਹੇ ਦਿਨ ਰਾਤੀ ॥ ਸਾਚੇ ਕੀ ਲਿਵ ਗੁਰਮਤਿ ਜਾਤੀ ॥ ਮਨਮੁਖ ਸੋਇ ਰਹੇ ਸੇ ਲੂਟੇ ਗੁਰਮੁਖਿ ਸਾਬਤੁ ਭਾਈ ਹੇ ॥੪॥ ਕੂੜੇ ਆਵੈ ਕੂੜੇ ਜਾਵੈ ॥ ਕੂੜੇ ਰਾਤੀ ਕੂੜੁ ਕਮਾਵੈ ॥ ਸਬਦਿ ਮਿਲੇ ਸੇ ਦਰਗਹ ਪੈਧੇ ਗੁਰਮੁਖਿ ਸੁਰਤਿ ਸਮਾਈ ਹੇ ॥੫॥ ਕੂੜਿ ਮੁਠੀ ਠਗੀ ਠਗਵਾੜੀ ॥ ਜਿਉ ਵਾੜੀ ਓਜਾੜਿ ਉਜਾੜੀ ॥ ਨਾਮ ਬਿਨਾ ਕਿਛੁ ਸਾਦਿ ਨ ਲਾਗੈ ਹਰਿ ਬਿਸਰਿਐ ਦੁਖੁ ਪਾਈ ਹੇ ॥੬॥ ਭੋਜਨੁ ਸਾਚੁ ਮਿਲੈ ਆਘਾਈ ॥ ਨਾਮ ਰਤਨੁ ਸਾਚੀ ਵਡਿਆਈ ॥ ਚੀਨੈ ਆਪੁ ਪਛਾਣੈ ਸੋਈ ਜੋਤੀ ਜੋਤਿ ਮਿਲਾਈ ਹੇ ॥੭॥ ਨਾਵਹੁ ਭੁਲੀ ਚੋਟਾ ਖਾਏ ॥ ਬਹੁਤੁ ਸਿਆਣਪ ਭਰਮੁ ਨ ਜਾਏ ॥ ਪਚਿ

ਪਚਿ ਮੁਏ ਅਚੇਤ ਨ ਚੇਤਹਿ ਅਜਗਰਿ ਭਾਰਿ ਲਦਾਈ ਹੇ ॥੮॥ ਬਿਨੁ ਬਾਦ ਬਿਰੋਧਹਿ ਕੋਈ ਨਾਹੀ ॥ ਮੈ ਦੇਖਾਲਿਹੁ ਤਿਸੁ ਸਾਲਾਹੀ ॥ ਮਨੁ ਤਨੁ ਅਰਪਿ ਮਿਲੈ ਜਗਜੀਵਨੁ ਹਰਿ ਸਿਉ ਬਣਤ ਬਣਾਈ ਹੇ ॥੯॥ ਪ੍ਰਭ ਕੀ ਗਤਿ ਮਿਤਿ ਕੋਇ ਨ ਪਾਵੈ ॥ ਜੇ ਕੋ ਵਡਾ ਕਹਾਇ ਵਡਾਈ ਖਾਵੈ ॥ ਸਾਚੇ ਸਾਹਿਬ ਤੋਟਿ ਨ ਦਾਤੀ ਸਗਲੀ ਤਿਨਹਿ ਉਪਾਈ ਹੇ ॥੧੦॥ ਵਡੀ ਵਡਿਆਈ ਵੇਪਰਵਾਹੇ ॥ ਆਪਿ ਉਪਾਏ ਦਾਨੁ ਸਮਾਹੇ ॥ ਆਪਿ ਦਇਆਲੁ ਦੂਰਿ ਨਹੀ ਦਾਤਾ ਮਿਲਿਆ ਸਹਜਿ ਰਜਾਈ ਹੇ ॥੧੧॥ ਇਕਿ ਸੋਗੀ ਇਕਿ ਰੋਗਿ ਵਿਆਪੇ ॥ ਜੋ ਕਿਛੁ ਕਰੇ ਸੁ ਆਪੇ ਆਪੇ ॥ ਭਗਤਿ ਭਾਉ ਗੁਰ ਕੀ ਮਤਿ ਪੂਰੀ ਅਨਹਦਿ ਸਬਦਿ ਲਖਾਈ ਹੇ ॥੧੨॥ ਇਕਿ ਨਾਗੇ ਭੂਖੇ ਭਵਹਿ ਭਵਾਏ ॥ ਇਕਿ ਹਠੁ ਕਰਿ ਮਰਹਿ ਨ ਕੀਮਤਿ ਪਾਏ ॥ ਗਤਿ ਅਵਿਗਤ ਕੀ ਸਾਰ ਨ ਜਾਣੈ ਬੂਝੈ ਸਬਦੁ ਕਮਾਈ ਹੇ ॥੧੩॥ ਇਕਿ ਤੀਰਥਿ ਨਾਵਹਿ ਅੰਨੁ ਨ ਖਾਵਹਿ ॥ ਇਕਿ ਅਗਨਿ ਜਲਾਵਹਿ ਦੇਹ ਖਪਾਵਹਿ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਕਿਤੁ ਬਿਧਿ ਪਾਰਿ ਲੰਘਾਈ ਹੇ ॥੧੪॥ ਗੁਰਮਤਿ ਛੋਡਹਿ ਉਝੜਿ ਜਾਈ ॥ ਮਨਮੁਖਿ ਰਾਮੁ ਨ ਜਪੈ ਅਵਾਈ ॥ ਪਚਿ ਪਚਿ ਬੂਡਹਿ ਕੂੜੁ ਕਮਾਵਹਿ ਕੂੜਿ ਕਾਲੁ ਬੈਰਾਈ ਹੇ ॥੧੫॥ ਹੁਕਮੇ ਆਵੈ ਹੁਕਮੇ ਜਾਵੈ ॥ ਬੂਝੈ ਹੁਕਮੁ ਸੋ ਸਾਚਿ ਸਮਾਵੈ ॥ ਨਾਨਕ ਸਾਚੁ ਮਿਲੈ ਮਨਿ ਭਾਵੈ ਗੁਰਮੁਖਿ ਕਾਰ ਕਮਾਈ ਹੇ ॥੧੬॥੫॥ ਮਾਰੂ ਮਹਲਾ ੧ ॥ ਆਪੇ ਕਰਤਾ ਪੁਰਖੁ ਬਿਧਾਤਾ ॥ ਜਿਨਿ ਆਪੇ ਆਪਿ ਉਪਾਇ ਪਛਾਤਾ ॥ ਆਪੇ ਸਤਿਗੁਰੁ ਆਪੇ ਸੇਵਕੁ ਆਪੇ ਸ੍ਰਿਸਟਿ ਉਪਾਈ ਹੇ ॥੧॥ ਆਪੇ ਨੇੜੈ ਨਾਹੀ ਦੂਰੇ ॥ ਬੂਝਹਿ ਗੁਰਮੁਖਿ ਸੇ ਜਨ ਪੂਰੇ ॥ ਤਿਨ ਕੀ ਸੰਗਤਿ ਅਹਿਨਿਸਿ ਲਾਹਾ ਗੁਰ ਸੰਗਤਿ ਏਹ ਵਡਾਈ ਹੇ ॥੨॥ ਜੁਗਿ ਜੁਗਿ ਸੰਤ ਭਲੇ ਪ੍ਰਭ ਤੇਰੇ ॥ ਹਰਿ ਗੁਣ ਗਾਵਹਿ ਰਸਨ ਰਸੇਰੇ ॥ ਉਸਤਤਿ ਕਰਹਿ ਪਰਹਰਿ ਦੁਖੁ ਦਾਲਦੁ ਜਿਨ ਨਾਹੀ ਚਿੰਤ ਪਰਾਈ ਹੇ ॥੩॥ ਓਇ ਜਾਗਤ ਰਹਹਿ ਨ ਸੂਤੇ ਦੀਸਹਿ ॥ ਸੰਗਤਿ ਕੁਲ ਤਾਰੇ ਸਾਚੁ ਪਰੀਸਹਿ ॥ ਕਲਿਮਲ ਮੈਲੁ ਨਾਹੀ ਤੇ ਨਿਰਮਲ ਓਇ ਰਹਹਿ ਭਗਤਿ ਲਿਵ ਲਾਈ ਹੇ ॥੪॥ ਬੂਝਹੁ ਹਰਿ ਜਨ ਸਤਿਗੁਰ ਬਾਣੀ ॥ ਏਹੁ ਜੋਬਨੁ ਸਾਸੁ ਹੈ ਦੇਹ ਪੁਰਾਣੀ ॥ ਆਜੁ ਕਾਲਿ ਮਰਿ ਜਾਈਐ ਪ੍ਰਾਣੀ ਹਰਿ ਜਪੁ ਜਪਿ ਰਿਦੈ ਧਿਆਈ ਹੇ ॥੫॥ ਛੋਡਹੁ ਪ੍ਰਾਣੀ ਕੂੜ ਕਬਾੜਾ ॥ ਕੂੜੁ ਮਾਰੇ ਕਾਲੁ ਉਛਾਹਾੜਾ ॥ ਸਾਕਤ ਕੂੜਿ ਪਚਹਿ ਮਨਿ ਹਉਮੈ ਦੁਹੁ ਮਾਰਗਿ

ਪਚੈ ਪਚਾਈ ਹੇ ॥੬॥ ਛੋਡਿਹੁ ਨਿੰਦਾ ਤਾਤਿ ਪਰਾਈ ॥ ਪੜਿ ਪੜਿ ਦਝਹਿ ਸਾਤਿ ਨ ਆਈ ॥ ਮਿਲਿ ਸਤਸੰਗਤਿ ਨਾਮੁ ਸਲਾਹਹੁ ਆਤਮ ਰਾਮੁ ਸਖਾਈ ਹੇ ॥੭॥ ਛੋਡਹੁ ਕਾਮ ਕ੍ਰੋਧੁ ਬੁਰਿਆਈ ॥ ਹਉਮੈ ਧੰਧੁ ਛੋਡਹੁ ਲੰਪਟਾਈ ॥ ਸਤਿਗੁਰ ਸਰਣਿ ਪਰਹੁ ਤਾ ਉਬਰਹੁ ਇਉ ਤਰੀਐ ਭਵਜਲੁ ਭਾਈ ਹੇ ॥੮॥ ਆਗੈ ਬਿਮਲ ਨਦੀ ਅਗਨਿ ਬਿਖੁ ਝੇਲਾ ॥ ਤਿਥੈ ਅਵਰੁ ਨ ਕੋਈ ਜੀਉ ਇਕੇਲਾ ॥ ਭੜ ਭੜ ਅਗਨਿ ਸਾਗਰੁ ਦੇ ਲਹਰੀ ਪੜਿ ਦਝਹਿ ਮਨਮੁਖ ਤਾਈ ਹੇ ॥੯॥ ਗੁਰ ਪਹਿ ਮੁਕਤਿ ਦਾਨੁ ਦੇ ਭਾਣੈ ॥ ਜਿਨਿ ਪਾਇਆ ਸੋਈ ਬਿਧਿ ਜਾਣੈ ॥ ਜਿਨ ਪਾਇਆ ਤਿਨ ਪੂਛਹੁ ਭਾਈ ਸੁਖੁ ਸਤਿਗੁਰ ਸੇਵ ਕਮਾਈ ਹੇ ॥੧●॥ ਗੁਰ ਬਿਨੁ ਉਰਝਿ ਮਰਹਿ ਬੇਕਾਰਾ ॥ ਜਮੁ ਸਿਰਿ ਮਾਰੇ ਕਰੇ ਖੁਆਰਾ ॥ ਬਾਧੇ ਮੁਕਤਿ ਨਾਹੀ ਨਰ ਨਿੰਦਕ ਡੂਬਹਿ ਨਿੰਦ ਪਰਾਈ ਹੇ ॥੧੧॥ ਬੋਲਹੁ ਸਾਚੁ ਪਛਾਣਹੁ ਅੰਦਰਿ ॥ ਦੂਰਿ ਨਾਹੀ ਦੇਖਹੁ ਕਰਿ ਨੰਦਰਿ ॥ ਬਿਘਨੁ ਨਾਹੀ ਗੁਰਮੁਖਿ ਤਰੁ ਤਾਰੀ ਇਉ ਭਵਜਲੁ ਪਾਰਿ ਲੰਘਾਈ ਹੇ ॥ ੧੨॥ ਦੇਹੀ ਅੰਦਰਿ ਨਾਮੁ ਨਿਵਾਸੀ ॥ ਆਪੇ ਕਰਤਾ ਹੈ ਅਬਿਨਾਸੀ ॥ ਨਾ ਜੀਉ ਮਰੈ ਨ ਮਾਰਿਆ ਜਾਈ ਕਰਿ ਦੇਖੈ ਸਬਦਿ ਰਜਾਈ ਹੇ ॥੧੩॥ ਓਹੁ ਨਿਰਮਲੁ ਹੈ ਨਾਹੀ ਅੰਧਿਆਰਾ ॥ ਓਹੁ ਆਪੇ ਤਖਤਿ ਬਹੈ ਸਚਿਆਰਾ ॥ ਸਾਕਤ ਕੂੜੇ ਬੰਧਿ ਭਵਾਈਅਹਿ ਮਰਿ ਜਨਮਹਿ ਆਈ ਜਾਈ ਹੇ ॥੧੪॥ ਗੁਰ ਕੇ ਸੇਵਕ ਸਤਿਗੁਰ ਪਿਆਰੇ ॥ ਓਇ ਬੈਸਹਿ ਤਖਤਿ ਸੁ ਸਬਦੁ ਵੀਚਾਰੇ ॥ ਤਤੁ ਲਹਹਿ ਅੰਤਰਗਤਿ ਜਾਣਹਿ ਸਤਸੰਗਤਿ ਸਾਚੁ ਵਡਾਈ ਹੇ ॥੧੫॥ ਆਪਿ ਤਰੈ ਜਨੁ ਪਿਤਰਾ ਤਾਰੇ ॥ ਸੰਗਤਿ ਮੁਕਤਿ ਸੁ ਪਾਰਿ ਉਤਾਰੇ ॥ ਨਾਨਕੁ ਤਿਸ ਕਾ ਲਾਲਾ ਗੋਲਾ ਜਿਨਿ ਗੁਰਮੁਖਿ ਹਰਿ ਲਿਵ ਲਾਈ ਹੇ ॥੧੬॥੬॥ ਮਾਰੂ ਮਹਲਾ ੧ ॥ ਕੇਤੇ ਜੁਗ ਵਰਤੇ ਗੁਬਾਰੈ ॥ ਤਾੜੀ ਲਾਈ ਅਪਰ ਅਪਾਰੈ ॥ ਧੁੰਧੂਕਾਰਿ ਨਿਰਾਲਮੁ ਬੈਠਾ ਨਾ ਤਦਿ ਧੰਧੁ ਪਸਾਰਾ ਹੇ ॥੧॥ ਜੁਗ ਛਤੀਹ ਤਿਨੈ ਵਰਤਾਏ ॥ ਜਿਉ ਤਿਸੁ ਭਾਣਾ ਤਿਵੈ ਚਲਾਏ ॥ ਤਿਸਹਿ ਸਰੀਕੁ ਨ ਦੀਸੈ ਕੋਈ ਆਪੇ ਅਪਰ ਅਪਾਰਾ ਹੇ ॥੨॥ ਗੁਪਤੇ ਬੂਝਹੁ ਜੁਗ ਚਤੁਆਰੇ ॥ ਘਟਿ ਘਟਿ ਵਰਤੈ ਉਦਰ ਮਝਾਰੇ ॥ ਜੁਗੁ ਜੁਗੁ ਏਕਾ ਏਕੀ ਵਰਤੈ ਕੋਈ ਬੂਝੈ ਗੁਰ ਵੀਚਾਰਾ ਹੇ ॥੩॥ ਬਿੰਦੁ ਰਕਤੁ ਮਿਲਿ ਪਿੰਡੁ ਸਰੀਆ ॥ ਪਉਣੁ ਪਾਣੀ ਅਗਨੀ ਮਿਲਿ ਜੀਆ ॥ ਆਪੇ ਚੋਜ ਕਰੇ ਰੰਗ ਮਹਲੀ ਹੋਰ ਮਾਇਆ ਮੋਹ ਪਸਾਰਾ ਹੇ ॥੪॥ ਗਰਭ ਕੁੰਡਲ ਮਹਿ ਉਰਧ

ਧਿਆਨੀ ॥ ਆਪੇ ਜਾਣੈ ਅੰਤਰਜਾਮੀ ॥ ਸਾਸਿ ਸਾਸਿ ਸਚੁ ਨਾਮੁ ਸਮਾਲੇ ਅੰਤਰਿ ਉਦਰ ਮਝਾਰਾ ਹੇ ॥੫॥ ਚਾਰਿ ਪਦਾਰਥ ਲੈ ਜਗਿ ਆਇਆ ॥ ਸਿਵ ਸਕਤੀ ਘਰਿ ਵਾਸਾ ਪਾਇਆ ॥ ਏਕੁ ਵਿਸਾਰੇ ਤਾ ਪਿੜ ਹਾਰੇ ਅੰਧੁਲੈ ਨਾਮੁ ਵਿਸਾਰਾ ਹੇ ॥੬॥ ਬਾਲਕੁ ਮਰੈ ਬਾਲਕ ਕੀ ਲੀਲਾ ॥ ਕਹਿ ਕਹਿ ਰੋਵਹਿ ਬਾਲੁ ਰੰਗੀਲਾ ॥ ਜਿਸ ਕਾ ਸਾ ਸੋ ਤਿਨ ਹੀ ਲੀਆ ਭੂਲਾ ਰੋਵਣਹਾਰਾ ਹੇ ॥੭॥ ਭਰਿ ਜੋਬਨਿ ਮਰਿ ਜਾਹਿ ਕਿ ਕੀਜੈ ॥ ਮੇਰਾ ਮੇਰਾ ਕਰਿ ਰੋਵੀਜੈ ॥ ਮਾਇਆ ਕਾਰਣਿ ਰੋਇ ਵਿਗੂਚਹਿ ਧ੍ਰਿਗੁ ਜੀਵਣੁ ਸੰਸਾਰਾ ਹੇ ॥੮॥ ਕਾਲੀ ਹੂ ਫੁਨਿ ਧਉਲੇ ਆਏ ॥ ਵਿਣੁ ਨਾਵੈ ਗਥੁ ਗਇਆ ਗਵਾਏ ॥ ਦੁਰਮਤਿ ਅੰਧੁਲਾ ਬਿਨਸਿ ਬਿਨਾਸੈ ਮੂਠੇ ਰੋਇ ਪੂਕਾਰਾ ਹੇ ॥੯॥ ਆਪੁ ਵੀਚਾਰਿ ਨ ਰੋਵੈ ਕੋਈ ॥ ਸਤਿਗੁਰੁ ਮਿਲੈ ਤ ਸੋਝੀ ਹੋਈ ॥ ਬਿਨੁ ਗੁਰ ਬਜਰ ਕਪਾਟ ਨ ਖੂਲਹਿ ਸਬਦਿ ਮਿਲੈ ਨਿਸਤਾਰਾ ਹੇ ॥੧੦॥ ਬਿਰਧਿ ਭਇਆ ਤਨੁ ਛੀਜੈ ਦੇਹੀ ॥ ਰਾਮੁ ਨ ਜਪਈ ਅੰਤਿ ਸਨੇਹੀ ॥ ਨਾਮੁ ਵਿਸਰਿ ਚਲੈ ਮੁਹਿ ਕਾਲੈ ਦਰਗਹ ਝੂਠੁ ਖੁਆਰਾ ਹੇ ॥੧੧॥ ਨਾਮੁ ਵਿਸਾਰਿ ਚਲੈ ਕੂੜਿਆਰੋ ॥ ਆਵਤ ਜਾਤ ਪੜੈ ਸਿਰਿ ਛਾਰੋ ॥ ਸਾਹੁਰੜੈ ਘਰਿ ਵਾਸੁ ਨ ਪਾਏ ਪੇਈਅੜੈ ਸਿਰਿ ਮਾਰਾ ਹੇ ॥੧੨॥ ਖਾਜੈ ਪੈਝੈ ਰਲੀ ਕਰੀਜੈ ॥ ਬਿਨੁ ਅਭ ਭਗਤੀ ਬਾਦਿ ਮਰੀਜੈ ॥ ਸਰ ਅਪਸਰ ਕੀ ਸਾਰ ਨ ਜਾਣੈ ਜਮੁ ਮਾਰੇ ਕਿਆ ਚਾਰਾ ਹੇ ॥੧੩॥ ਪਰਵਿਰਤੀ ਨਰਵਿਰਤਿ ਪਛਾਣੈ ॥ ਗੁਰ ਕੈ ਸੰਗਿ ਸਬਦਿ ਘਰੁ ਜਾਣੈ ॥ ਕਿਸ ਹੀ ਮੰਦਾ ਆਖਿ ਨ ਚਲੈ ਸਚਿ ਖਰਾ ਸਚਿਆਰਾ ਹੇ ॥੧੪॥ ਸਾਚ ਬਿਨਾ ਦਰਿ ਸਿਝੈ ਨ ਕੋਈ ॥ ਸਾਰ ਸਬਦਿ ਪੈਝੈ ਪਤਿ ਹੋਈ ॥ ਆਪੇ ਬਖਸਿ ਲਏ ਤਿਸੁ ਭਾਵੈ ਹਉਮੈ ਗਰਬੁ ਨਿਵਾਰਾ ਹੇ ॥੧੫॥ ਗੁਰ ਕਿਰਪਾ ਤੇ ਹੁਕਮੁ ਪਛਾਣੈ ॥ ਜੁਗਹ ਜੁਗੰਤਰ ਕੀ ਬਿਧਿ ਜਾਣੈ ॥ ਨਾਨਕ ਨਾਮੁ ਜਪਹੁ ਤਰੁ ਤਾਰੀ ਸਚੁ ਤਾਰੇ ਤਾਰਣਹਾਰਾ ਹੇ ॥੧੬॥੧॥੭॥ ਮਾਰੂ ਮਹਲਾ ੧ ॥ ਹਰਿ ਸਾ ਮੀਤੁ ਨਾਹੀ ਮੈ ਕੋਈ ॥ ਜਿਨਿ ਤਨੁ ਮਨੁ ਦੀਆ ਸੁਰਤਿ ਸਮੋਈ ॥ ਸਰਬ ਜੀਆ ਪ੍ਰਤਿਪਾਲਿ ਸਮਾਲੇ ਸੋ ਅੰਤਰਿ ਦਾਨਾ ਬੀਨਾ ਹੇ ॥੧॥ ਗੁਰੁ ਸਰਵਰੁ ਹਮ ਹੰਸ ਪਿਆਰੇ ॥ ਸਾਗਰ ਮਹਿ ਰਤਨ ਲਾਲ ਬਹੁ ਸਾਰੇ ॥ ਮੋਤੀ ਮਾਣਕ ਹੀਰਾ ਹਰਿ ਜਸੁ ਗਾਵਤ ਮਨੁ ਤਨੁ ਭੀਨਾ ਹੇ ॥੨॥ ਹਰਿ ਅਗਮ ਅਗਾਹੁ ਅਗਾਧਿ ਨਿਰਾਲਾ ॥ ਹਰਿ ਅੰਤੁ ਨ ਪਾਈਐ ਗੁਰ ਗੋਪਾਲਾ ॥ ਸਤਿਗੁਰ ਮਤਿ ਤਾਰੇ ਤਾਰਣਹਾਰਾ ਮੇਲਿ ਲਏ ਰੰਗਿ

ਲੀਨਾ ਹੇ ॥੩॥ ਸਤਿਗੁਰ ਬਾਝਹੁ ਮੁਕਤਿ ਕਿਨੇਹੀ ॥ ਓਹੁ ਆਦਿ ਜੁਗਾਦੀ ਰਾਮ ਸਨੇਹੀ ॥ ਦਰਗਹ ਮੁਕਤਿ ਕਰੇ ਕਰਿ ਕਿਰਪਾ ਬਖਸੇ ਅਵਗੁਣ ਕੀਨਾ ਹੇ ॥੪॥ ਸਤਿਗੁਰੁ ਦਾਤਾ ਮੁਕਤਿ ਕਰਾਏ ॥ ਸਭਿ ਰੋਗ ਗਵਾਏ ਅੰਮ੍ਰਿਤ ਰਸੁ ਪਾਏ ॥ ਜਮੁ ਜਾਗਾਤਿ ਨਾਹੀ ਕਰੁ ਲਾਗੈ ਜਿਸੁ ਅਗਨਿ ਬੁਝੀ ਠਰੁ ਸੀਨਾ ਹੇ ॥੫॥ ਕਾਇਆ ਹੰਸ ਪ੍ਰੀਤਿ ਬਹੁ ਧਾਰੀ ॥ ਓਹੁ ਜੋਗੀ ਪੁਰਖੁ ਓਹ ਸੁੰਦਰਿ ਨਾਰੀ ॥ ਅਹਿਨਿਸਿ ਭੋਗੈ ਚੋਜ ਬਿਨੋਦੀ ਉਠਿ ਚਲਤੈ ਮਤਾ ਨ ਕੀਨਾ ਹੇ ॥੬॥ ਸ੍ਰਿਸਟਿ ਉਪਾਇ ਰਹੇ ਪ੍ਰਭ ਛਾਜੈ ॥ ਪਉਣ ਪਾਣੀ ਬੈਸੰਤਰੁ ਗਾਜੈ ॥ ਮਨੂਆ ਡੋਲੈ ਦੂਤ ਸੰਗਤਿ ਮਿਲਿ ਸੋ ਪਾਏ ਜੋ ਕਿਛੁ ਕੀਨਾ ਹੇ ॥੭॥ ਨਾਮੁ ਵਿਸਾਰਿ ਦੋਖ ਦੁਖ ਸਹੀਐ ॥ ਹੁਕਮੁ ਭਇਆ ਚਲਣਾ ਕਿਉ ਰਹੀਐ ॥ ਨਰਕ ਕੂਪ ਮਹਿ ਗੋਤੇ ਖਾਵੈ ਜਿਉ ਜਲ ਤੇ ਬਾਹਰਿ ਮੀਨਾ ਹੇ ॥੮॥ ਚਉਰਾਸੀਹ ਨਰਕ ਸਾਕਤੁ ਭੋਗਾਈਐ ॥ ਜੈਸਾ ਕੀਚੈ ਤੈਸੋ ਪਾਈਐ ॥ ਸਤਿਗੁਰ ਬਾਝਹੁ ਮੁਕਤਿ ਨ ਹੋਈ ਕਿਰਤਿ ਬਾਧਾ ਗ੍ਰਸਿ ਦੀਨਾ ਹੇ ॥੯॥ ਖੰਡੇ ਧਾਰ ਗਲੀ ਅਤਿ ਭੀੜੀ ॥ ਲੇਖਾ ਲੀਜੈ ਤਿਲ ਜਿਉ ਪੀੜੀ ॥ ਮਾਤ ਪਿਤਾ ਕਲਤ੍ਰ ਸੁਤ ਬੇਲੀ ਨਾਹੀ ਬਿਨੁ ਹਰਿ ਰਸ ਮੁਕਤਿ ਨ ਕੀਨਾ ਹੇ ॥੧੦॥ ਮੀਤ ਸਖੇ ਕੇਤੇ ਜਗ ਮਾਹੀ ॥ ਬਿਨੁ ਗੁਰ ਪਰਮੇਸਰ ਕੋਈ ਨਾਹੀ ॥ ਗੁਰ ਕੀ ਸੇਵਾ ਮੁਕਤਿ ਪਰਾਇਣਿ ਅਨਦਿਨੁ ਕੀਰਤਨੁ ਕੀਨਾ ਹੇ ॥੧੧॥ ਕੂੜੁ ਛੋਡਿ ਸਾਚੇ ਕਉ ਧਾਵਹੁ ॥ ਜੋ ਇਛਹੁ ਸੋਈ ਫਲੁ ਪਾਵਹੁ ॥ ਸਾਚ ਵਖਰ ਕੇ ਵਾਪਾਰੀ ਵਿਰਲੇ ਲੈ ਲਾਹਾ ਸਉਦਾ ਕੀਨਾ ਹੇ ॥੧੨॥ ਹਰਿ ਹਰਿ ਨਾਮੁ ਵਖਰੁ ਲੈ ਚਲਹੁ ॥ ਦਰਸਨੁ ਪਾਵਹੁ ਸਹਜਿ ਮਹਲਹੁ ॥ ਗੁਰਮੁਖਿ ਖੋਜਿ ਲਹਹਿ ਜਨ ਪੂਰੇ ਇਉ ਸਮਦਰਸੀ ਚੀਨਾ ਹੇ ॥੧੩॥ ਪ੍ਰਭ ਬੇਅੰਤ ਗੁਰਮਤਿ ਕੋ ਪਾਵਹਿ ॥ ਗੁਰ ਕੈ ਸਬਦਿ ਮਨ ਕਉ ਸਮਝਾਵਹਿ ॥ ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਮਾਨਹੁ ਇਉ ਆਤਮ ਰਾਮੈ ਲੀਨਾ ਹੇ ॥੧੪॥ ਨਾਰਦ ਸਾਰਦ ਸੇਵਕ ਤੇਰੇ ॥ ਤ੍ਰਿਭਵਣਿ ਸੇਵਕ ਵਡਹੁ ਵਡੇਰੇ ॥ ਸਭ ਤੇਰੀ ਕੁਦਰਤਿ ਤੂ ਸਿਰਿ ਸਿਰਿ ਦਾਤਾ ਸਭੁ ਤੇਰੋ ਕਾਰਣੁ ਕੀਨਾ ਹੇ ॥੧੫॥ ਇਕਿ ਦਰਿ ਸੇਵਹਿ ਦਰਦੁ ਵਞਾਏ ॥ ਓਇ ਦਰਗਹ ਪੈਧੇ ਸਤਿਗੁਰੂ ਛਡਾਏ ॥ ਹਉਮੈ ਬੰਧਨ ਸਤਿਗੁਰਿ ਤੋੜੇ ਚਿਤੁ ਚੰਚਲੁ ਚਲਣਿ ਨ ਦੀਨਾ ਹੇ ॥੧੬॥ ਸਤਿਗੁਰ ਮਿਲਹੁ ਚੀਨਹੁ ਬਿਧਿ ਸਾਈ ॥ ਜਿਤੁ ਪ੍ਰਭੁ ਪਾਵਹੁ ਗਣਤ ਨ ਕਾਈ ॥ ਹਉਮੈ ਮਾਰਿ ਕਰਹੁ ਗੁਰ ਸੇਵਾ ਜਨ ਨਾਨਕ ਹਰਿ ਰੰਗਿ ਭੀਨਾ ਹੇ ॥੧੭॥੨॥੮॥ ਮਾਰੂ

ਮਹਲਾ ੧ ॥ ਅਸੁਰ ਸਘਾਰਣ ਰਾਮੁ ਹਮਾਰਾ ॥ ਘਟਿ ਘਟਿ ਰਮਈਆ ਰਾਮੁ ਪਿਆਰਾ ॥ ਨਾਲੇ ਅਲਖੁ ਨ ਲਖੀਐ ਮੂਲੇ ਗੁਰਮੁਖਿ ਲਿਖੁ ਵੀਚਾਰਾ ਹੇ ॥੧॥ ਗੁਰਮੁਖਿ ਸਾਧੂ ਸਰਣਿ ਤੁਮਾਰੀ ॥ ਕਰਿ ਕਿਰਪਾ ਪ੍ਰਭਿ ਪਾਰਿ ਉਤਾਰੀ ॥ ਅਗਨਿ ਪਾਣੀ ਸਾਗਰੁ ਅਤਿ ਗਹਰਾ ਗੁਰੁ ਸਤਿਗੁਰੁ ਪਾਰਿ ਉਤਾਰਾ ਹੇ ॥੨॥ ਮਨਮੁਖ ਅੰਧੁਲੇ ਸੋਝੀ ਨਾਹੀ ॥ ਆਵਹਿ ਜਾਹਿ ਮਰਹਿ ਮਰਿ ਜਾਹੀ ॥ ਪੂਰਬਿ ਲਿਖਿਆ ਲੇਖੁ ਨ ਮਿਟਈ ਜਮ ਦਰਿ ਅੰਧੁ ਖੁਆਰਾ ਹੇ ॥੩॥ ਇਕਿ ਆਵਹਿ ਜਾਵਹਿ ਘਰਿ ਵਾਸੁ ਨ ਪਾਵਹਿ ॥ ਕਿਰਤ ਕੇ ਬਾਧੇ ਪਾਪ ਕਮਾਵਹਿ ॥ ਅੰਧੁਲੇ ਸੋਝੀ ਬੂਝ ਨ ਕਾਈ ਲੋਭੁ ਬੁਰਾ ਅਹੰਕਾਰਾ ਹੇ ॥੪॥ ਪਿਰ ਬਿਨੁ ਕਿਆ ਤਿਸੁ ਧਨ ਸੀਗਾਰਾ ॥ ਪਰ ਪਿਰ ਰਾਤੀ ਖਸਮੁ ਵਿਸਾਰਾ ॥ ਜਿਉ ਬੇਸੁਆ ਪੂਤ ਬਾਪੁ ਕੋ ਕਹੀਐ ਤਿਉ ਫੋਕਟ ਕਾਰ ਵਿਕਾਰਾ ਹੇ ॥੫॥ ਪ੍ਰੇਤ ਪਿੰਜਰ ਮਹਿ ਦੂਖ ਘਨੇਰੇ ॥ ਨਰਕਿ ਪਚਹਿ ਅਗਿਆਨ ਅੰਧੇਰੇ ॥ ਧਰਮ ਰਾਇ ਕੀ ਬਾਕੀ ਲੀਜੈ ਜਿਨਿ ਹਰਿ ਕਾ ਨਾਮੁ ਵਿਸਾਰਾ ਹੇ ॥੬॥ ਸੂਰਜੁ ਤਪੈ ਅਗਨਿ ਬਿਖੁ ਝਾਲਾ ॥ ਅਪਤੁ ਪਸੂ ਮਨਮੁਖੁ ਬੇਤਾਲਾ ॥ ਆਸਾ ਮਨਸਾ ਕੂੜੁ ਕਮਾਵਹਿ ਰੋਗੁ ਬੁਰਾ ਬੁਰਿਆਰਾ ਹੇ ॥੭॥ ਮਸਤਕਿ ਭਾਰੁ ਕਲਰ ਸਿਰਿ ਭਾਰਾ ॥ ਕਿਉ ਕਰਿ ਭਵਜਲੁ ਲੰਘਸਿ ਪਾਰਾ ॥ ਸਤਿਗੁਰੁ ਬੋਹਿਥੁ ਆਦਿ ਜੁਗਾਦੀ ਰਾਮ ਨਾਮਿ ਨਿਸਤਾਰਾ ਹੇ ॥੮॥ ਪੁਤ੍ਰ ਕਲਤ੍ਰ ਜਗਿ ਹੇਤੁ ਪਿਆਰਾ ॥ ਮਾਇਆ ਮੋਹੁ ਪਸਰਿਆ ਪਾਸਾਰਾ ॥ ਜਮ ਕੇ ਫਾਹੇ ਸਤਿਗੁਰਿ ਤੋੜੇ ਗੁਰਮੁਖਿ ਤਤੁ ਬੀਚਾਰਾ ਹੇ ॥੯॥ ਕੂੜਿ ਮੁਠੀ ਚਾਲੈ ਬਹੁ ਰਾਹੀ ॥ ਮਨਮੁਖੁ ਦਾਝੈ ਪੜਿ ਪੜਿ ਭਾਹੀ ॥ ਅੰਮ੍ਰਿਤ ਨਾਮੁ ਗੁਰੂ ਵਡ ਦਾਣਾ ਨਾਮੁ ਜਪਹੁ ਸੁਖ ਸਾਰਾ ਹੇ ॥੧੦॥ ਸਤਿਗੁਰੁ ਤੁਠਾ ਸਚੁ ਦ੍ਰਿੜਾਏ ॥ ਸਭਿ ਦੁਖ ਮੇਟੇ ਮਾਰਗਿ ਪਾਏ ॥ ਕੰਡਾ ਪਾਇ ਨ ਗਡਈ ਮੂਲੇ ਜਿਸੁ ਸਤਿਗੁਰੁ ਰਾਖਣਹਾਰਾ ਹੇ ॥੧੧॥ ਖੇਹੂ ਖੇਹ ਰਲੈ ਤਨੁ ਛੀਜੈ ॥ ਮਨਮੁਖੁ ਪਾਥਰੁ ਸੈਲੁ ਨ ਭੀਜੈ ॥ ਕਰਣ ਪਲਾਵ ਕਰੇ ਬਹੁਤੇਰੇ ਨਰਕਿ ਸੁਰਗਿ ਅਵਤਾਰਾ ਹੇ ॥੧੨॥ ਮਾਇਆ ਬਿਖੁ ਭੁਇਅੰਗਮ ਨਾਲੇ ॥ ਇਨਿ ਦੁਬਿਧਾ ਘਰ ਬਹੁਤੇ ਗਾਲੇ ॥ ਸਤਿਗੁਰ ਬਾਝਹੁ ਪ੍ਰੀਤਿ ਨ ਉਪਜੈ ਭਗਤਿ ਰਤੇ ਪਤੀਆਰਾ ਹੇ ॥੧੩॥ ਸਾਕਤ ਮਾਇਆ ਕਉ ਬਹੁ ਧਾਵਹਿ ॥ ਨਾਮੁ ਵਿਸਾਰਿ ਕਹਾ ਸੁਖੁ ਪਾਵਹਿ ॥ ਤ੍ਰਿਹੁ ਗੁਣ ਅੰਤਰਿ ਖਪਹਿ ਖਪਾਵਹਿ ਨਾਹੀ ਪਾਰਿ ਉਤਾਰਾ ਹੇ ॥੧੪॥ ਕੂਕਰ ਸੂਕਰ ਕਹੀਅਹਿ ਕੂੜਿਆਰਾ ॥ ਭਉਕਿ ਮਰਹਿ ਭਉ ਭਉ ਭਉ ਹਾਰਾ ॥ ਮਨਿ

ਤਨਿ ਝੂਠੇ ਕੂੜੁ ਕਮਾਵਹਿ ਦੁਰਮਤਿ ਦਰਗਹ ਹਾਰਾ ਹੇ ॥੧੫॥ ਸਤਿਗੁਰੁ ਮਿਲੈ ਤ ਮਨੂਆ ਟੇਕੈ ॥ ਰਾਮ ਨਾਮੁ ਦੇ ਸਰਣਿ ਪਰੇਕੈ ॥ ਹਰਿ ਧਨੁ ਨਾਮੁ ਅਮੋਲਕੁ ਦੇਵੈ ਹਰਿ ਜਸੁ ਦਰਗਹ ਪਿਆਰਾ ਹੇ ॥੧੬॥ ਰਾਮ ਨਾਮੁ ਸਾਧੂ ਸਰਣਾਈ ॥ ਸਤਿਗੁਰ ਬਚਨੀ ਗਤਿ ਮਿਤਿ ਪਾਈ ॥ ਨਾਨਕ ਹਰਿ ਜਪਿ ਹਰਿ ਮਨ ਮੇਰੇ ਹਰਿ ਮੇਲੇ ਮੇਲਣਹਾਰਾ ਹੇ ॥੧੭॥੩॥੯॥ ਮਾਰੂ ਮਹਲਾ ੧ ॥ ਘਰਿ ਰਹੁ ਰੇ ਮਨ ਮੁਗਧ ਇਆਨੇ ॥ ਰਾਮੁ ਜਪਹੁ ਅੰਤਰਗਤਿ ਧਿਆਨੇ ॥ ਲਾਲਚ ਛੋਡਿ ਰਚਹੁ ਅਪਰੰਪਰਿ ਇਉ ਪਾਵਹੁ ਮੁਕਤਿ ਦੁਆਰਾ ਹੇ ॥੧॥ ਜਿਸੁ ਬਿਸਰਿਐ ਜਮੁ ਜੋਹਣਿ ਲਾਗੈ ॥ ਸਭਿ ਸੁਖ ਜਾਹਿ ਦੁਖਾ ਫੁਨਿ ਆਗੈ ॥ ਰਾਮ ਨਾਮੁ ਜਪਿ ਗੁਰਮੁਖਿ ਜੀਅੜੇ ਏਹੁ ਪਰਮ ਤਤੁ ਵੀਚਾਰਾ ਹੇ ॥੨॥ ਹਰਿ ਹਰਿ ਨਾਮੁ ਜਪਹੁ ਰਸੁ ਮੀਠਾ ॥ ਗੁਰਮੁਖਿ ਹਰਿ ਰਸੁ ਅੰਤਰਿ ਡੀਠਾ ॥ ਅਹਿਨਿਸਿ ਰਾਮ ਰਹਹੁ ਰੰਗਿ ਰਾਤੇ ਏਹੁ ਜਪੁ ਤਪੁ ਸੰਜਮੁ ਸਾਰਾ ਹੇ ॥੩॥ ਰਾਮ ਨਾਮੁ ਗੁਰ ਬਚਨੀ ਬੋਲਹੁ ॥ ਸੰਤ ਸਭਾ ਮਹਿ ਇਹੁ ਰਸੁ ਟੋਲਹੁ ॥ ਗੁਰਮਤਿ ਖੋਜਿ ਲਹਹੁ ਘਰੁ ਅਪਨਾ ਬਹੁੜਿ ਨ ਗਰਭ ਮਝਾਰਾ ਹੇ ॥੪॥ ਸਚੁ ਤੀਰਥਿ ਨਾਵਹੁ ਹਰਿ ਗੁਣ ਗਾਵਹੁ ॥ ਤਤੁ ਵੀਚਾਰਹੁ ਹਰਿ ਲਿਵ ਲਾਵਹੁ ॥ ਅੰਤ ਕਾਲਿ ਜਮੁ ਜੋਹਿ ਨ ਸਾਕੈ ਹਰਿ ਬੋਲਹੁ ਰਾਮੁ ਪਿਆਰਾ ਹੇ ॥੫॥ ਸਤਿਗੁਰੁ ਪੁਰਖੁ ਦਾਤਾ ਵਡ ਦਾਣਾ ॥ ਜਿਸੁ ਅੰਤਰਿ ਸਾਚੁ ਸੁ ਸਬਦਿ ਸਮਾਣਾ ॥ ਜਿਸ ਕਉ ਸਤਿਗੁਰੁ ਮੇਲਿ ਮਿਲਾਏ ਤਿਸੁ ਚੂਕਾ ਜਮ ਭੈ ਭਾਰਾ ਹੇ ॥੬॥ ਪੰਚ ਤਤੁ ਮਿਲਿ ਕਾਇਆ ਕੀਨੀ ॥ ਤਿਸ ਮਹਿ ਰਾਮ ਰਤਨੁ ਲੈ ਚੀਨੀ ॥ ਆਤਮ ਰਾਮੁ ਰਾਮੁ ਹੈ ਆਤਮ ਹਰਿ ਪਾਈਐ ਸਬਦਿ ਵੀਚਾਰਾ ਹੇ ॥੭॥ ਸਤ ਸੰਤੋਖਿ ਰਹਹੁ ਜਨ ਭਾਈ ॥ ਖਿਮਾ ਗਹਹੁ ਸਤਿਗੁਰ ਸਰਣਾਈ ॥ ਆਤਮੁ ਚੀਨਿ ਪਰਾਤਮੁ ਚੀਨਹੁ ਗੁਰ ਸੰਗਤਿ ਇਹੁ ਨਿਸਤਾਰਾ ਹੇ ॥੮॥ ਸਾਕਤ ਕੂੜ ਕਪਟ ਮਹਿ ਟੇਕਾ ॥ ਅਹਿਨਿਸਿ ਨਿੰਦਾ ਕਰਹਿ ਅਨੇਕਾ ॥ ਬਿਨੁ ਸਿਮਰਨ ਆਵਹਿ ਫੁਨਿ ਜਾਵਹਿ ਗ੍ਰਭ ਜੋਨੀ ਨਰਕ ਮਝਾਰਾ ਹੇ ॥੯॥ ਸਾਕਤ ਜਮ ਕੀ ਕਾਣਿ ਨ ਚੂਕੈ ॥ ਜਮ ਕਾ ਡੰਡੁ ਨ ਕਬਹੂ ਮੂਕੈ ॥ ਬਾਕੀ ਧਰਮ ਰਾਇ ਕੀ ਲੀਜੈ ਸਿਰਿ ਅਫਰਿਓ ਭਾਰੁ ਅਫਾਰਾ ਹੇ ॥੧੦॥ ਬਿਨੁ ਗੁਰ ਸਾਕਤੁ ਕਹਹੁ ਕੋ ਤਰਿਆ ॥ ਹਉਮੈ ਕਰਤਾ ਭਵਜਲਿ ਪਰਿਆ ॥ ਬਿਨੁ ਗੁਰ ਪਾਰੁ ਨ ਪਾਵੈ ਕੋਈ ਹਰਿ ਜਪੀਐ ਪਾਰਿ ਉਤਾਰਾ ਹੇ ॥੧੧॥ ਗੁਰ ਕੀ ਦਾਤਿ ਨ ਮੇਟੈ ਕੋਈ ॥ ਜਿਸੁ ਬਖਸੇ ਤਿਸੁ ਤਾਰੇ ਸੋਈ ॥ ਜਨਮ ਮਰਣ ਦੁਖੁ ਨੇੜਿ

ਨ ਆਵੈ ਮਨਿ ਸੋ ਪ੍ਰਭੁ ਅਪਰ ਅਪਾਰਾ ਹੇ ॥੧੨॥ ਗੁਰ ਤੇ ਭੂਲੇ ਆਵਹੁ ਜਾਵਹੁ ॥ ਜਨਮਿ ਮਰਹੁ ਫੁਨਿ ਪਾਪ ਕਮਾਵਹੁ ॥ ਸਾਕਤ ਮੂੜ ਅਚੇਤ ਨ ਚੇਤਹਿ ਦੁਖੁ ਲਾਗੈ ਤਾ ਰਾਮੁ ਪੁਕਾਰਾ ਹੇ ॥੧੩॥ ਸੁਖੁ ਦੁਖੁ ਪੁਰਬ ਜਨਮ ਕੇ ਕੀਏ ॥ ਸੋ ਜਾਣੈ ਜਿਨਿ ਦਾਤੈ ਦੀਏ ॥ ਕਿਸ ਕਉ ਦੋਸੁ ਦੇਹਿ ਤੂ ਪ੍ਰਾਣੀ ਸਹੁ ਅਪਣਾ ਕੀਆ ਕਰਾਰਾ ਹੇ ॥੧੪॥ ਹਉਮੈ ਮਮਤਾ ਕਰਦਾ ਆਇਆ ॥ ਆਸਾ ਮਨਸਾ ਬੰਧਿ ਚਲਾਇਆ ॥ ਮੇਰੀ ਮੇਰੀ ਕਰਤ ਕਿਆ ਲੇ ਚਾਲੇ ਬਿਖੁ ਲਾਦੇ ਛਾਰ ਬਿਕਾਰਾ ਹੇ ॥੧੫॥ ਹਰਿ ਕੀ ਭਗਤਿ ਕਰਹੁ ਜਨ ਭਾਈ ॥ ਅਕਥੁ ਕਥਹੁ ਮਨੁ ਮਨਹਿ ਸਮਾਈ ॥ ਉਠਿ ਚਲਤਾ ਠਾਕਿ ਰਖਹੁ ਘਰਿ ਅਪੁਨੈ ਦੁਖੁ ਕਾਟੇ ਕਾਟਣਹਾਰਾ ਹੇ ॥੧੬॥ ਹਰਿ ਗੁਰ ਪੂਰੇ ਕੀ ਓਟ ਪਰਾਤੀ ॥ ਗੁਰਮੁਖਿ ਹਰਿ ਲਿਵ ਗੁਰਮੁਖਿ ਜਾਤੀ ॥ ਨਾਨਕ ਰਾਮ ਨਾਮਿ ਮਤਿ ਊਤਮ ਹਰਿ ਬਖਸੇ ਪਾਰਿ ਉਤਾਰਾ ਹੇ ॥੧੭॥੪॥੧੦॥ ਮਾਰੂ ਮਹਲਾ ੧ ॥ ਸਰਣਿ ਪਰੇ ਗੁਰਦੇਵ ਤੁਮਾਰੀ ॥ ਤੂ ਸਮਰਥੁ ਦਇਆਲੁ ਮੁਰਾਰੀ ॥ ਤੇਰੇ ਚੋਜ ਨ ਜਾਣੈ ਕੋਈ ਤੂ ਪੂਰਾ ਪੁਰਖੁ ਬਿਧਾਤਾ ਹੇ ॥੧॥ ਤੂ ਆਦਿ ਜੁਗਾਦਿ ਕਰਹਿ ਪ੍ਰਤਿਪਾਲਾ ॥ ਘਟਿ ਘਟਿ ਰੂਪੁ ਅਨੂਪੁ ਦਇਆਲਾ ॥ ਜਿਉ ਤੁਧੁ ਭਾਵੈ ਤਿਵੈ ਚਲਾਵਹਿ ਸਭੁ ਤੇਰੋ ਕੀਆ ਕਮਾਤਾ ਹੇ ॥੨॥ ਅੰਤਰਿ ਜੋਤਿ ਭਲੀ ਜਗਜੀਵਨ ॥ ਸਭਿ ਘਟ ਭੋਗੈ ਹਰਿ ਰਸੁ ਪੀਵਨ ॥ ਆਪੇ ਲੇਵੈ ਆਪੇ ਦੇਵੈ ਤਿਹੁ ਲੋਈ ਜਗਤ ਪਿਤ ਦਾਤਾ ਹੇ ॥੩॥ ਜਗਤੁ ਉਪਾਇ ਖੇਲੁ ਰਚਾਇਆ ॥ ਪਵਣੈ ਪਾਣੀ ਅਗਨੀ ਜੀਉ ਪਾਇਆ ॥ ਦੇਹੀ ਨਗਰੀ ਨਉ ਦਰਵਾਜੇ ਸੋ ਦਸਵਾ ਗੁਪਤੁ ਰਹਾਤਾ ਹੇ ॥੪॥ ਚਾਰਿ ਨਦੀ ਅਗਨੀ ਅਸਰਾਲਾ ॥ ਕੋਈ ਗੁਰਮੁਖਿ ਬੂਝੈ ਸਬਦਿ ਨਿਰਾਲਾ ॥ ਸਾਕਤ ਦੁਰਮਤਿ ਡੂਬਹਿ ਦਾਝਹਿ ਗੁਰਿ ਰਾਖੇ ਹਰਿ ਲਿਵ ਰਾਤਾ ਹੇ ॥੫॥ ਅਪੁ ਤੇਜੁ ਵਾਇ ਪ੍ਰਿਥਮੀ ਆਕਾਸਾ ॥ ਤਿਨ ਮਹਿ ਪੰਚ ਤਤੁ ਘਰਿ ਵਾਸਾ ॥ ਸਤਿਗੁਰ ਸਬਦਿ ਰਹਹਿ ਰੰਗਿ ਰਾਤਾ ਤਜਿ ਮਾਇਆ ਹਉਮੈ ਭ੍ਰਾਤਾ ਹੇ ॥੬॥ ਇਹੁ ਮਨੁ ਭੀਜੈ ਸਬਦਿ ਪਤੀਜੈ ॥ ਬਿਨੁ ਨਾਵੈ ਕਿਆ ਟੇਕ ਟਿਕੀਜੈ ॥ ਅੰਤਰਿ ਚੋਰੁ ਮੁਹੈ ਘਰੁ ਮੰਦਰੁ ਇਨਿ ਸਾਕਤਿ ਦੂਤੁ ਨ ਜਾਤਾ ਹੇ ॥੭॥ ਦੁੰਦਰ ਦੂਤ ਭੂਤ ਭੀਹਾਲੇ ॥ ਖਿੰਚੋਤਾਣਿ ਕਰਹਿ ਬੇਤਾਲੇ ॥ ਸਬਦ ਸੁਰਤਿ ਬਿਨੁ ਆਵੈ ਜਾਵੈ ਪਤਿ ਖੋਈ ਆਵਤ ਜਾਤਾ ਹੇ ॥੮॥ ਕੂੜੁ ਕਲਰੁ ਤਨੁ ਭਸਮੈ ਢੇਰੀ ॥ ਬਿਨੁ ਨਾਵੈ ਕੈਸੀ ਪਤਿ ਤੇਰੀ ॥ ਬਾਧੇ ਮੁਕਤਿ ਨਾਹੀ ਜੁਗ ਚਾਰੇ ਜਮਕੰਕਰਿ ਕਾਲਿ ਪਰਾਤਾ ਹੇ ॥੯॥ ਜਮ ਦਰਿ

ਬਾਧੇ ਮਿਲਹਿ ਸਜਾਈ ॥ ਤਿਸੁ ਅਪਰਾਧੀ ਗਤਿ ਨਹੀ ਕਾਈ ॥ ਕਰਣ ਪਲਾਵ ਕਰੇ ਬਿਲਲਾਵੈ ਜਿਉ ਕੁੰਡੀ ਮੀਨੁ ਪਰਾਤਾ ਹੇ ॥੧●॥ ਸਾਕਤ ਫਾਸੀ ਪੜੈ ਇਕੇਲਾ ॥ ਜਮ ਵਸਿ ਕੀਆ ਅੰਧੁ ਦੁਹੇਲਾ ॥ ਰਾਮ ਨਾਮ ਬਿਨੁ ਮੁਕਤਿ ਨ ਸੂਝੈ ਆਜੁ ਕਾਲਿ ਪਚਿ ਜਾਤਾ ਹੇ ॥੧੧॥ ਸਤਿਗੁਰ ਬਾਝੁ ਨ ਬੇਲੀ ਕੋਈ ॥ ਐਥੈ ਓਥੈ ਰਾਖਾ ਪ੍ਰਭੁ ਸੋਈ ॥ ਰਾਮ ਨਾਮੁ ਦੇਵੈ ਕਰਿ ਕਿਰਪਾ ਇਉ ਸਲਲੈ ਸਲਲ ਮਿਲਾਤਾ ਹੇ ॥੧੨॥ ਭੂਲੇ ਸਿਖ ਗੁਰੂ ਸਮਝਾਏ ॥ ਉਝੜਿ ਜਾਦੇ ਮਾਰਗਿ ਪਾਏ ॥ ਤਿਸੁ ਗੁਰ ਸੇਵਿ ਸਦਾ ਦਿਨੁ ਰਾਤੀ ਦੁਖ ਭੰਜਨ ਸੰਗਿ ਸਖਾਤਾ ਹੇ ॥੧੩॥ ਗੁਰ ਕੀ ਭਗਤਿ ਕਰਹਿ ਕਿਆ ਪ੍ਰਾਣੀ ॥ ਬ੍ਰਹਮੈ ਇੰਦ੍ਰਿ ਮਹੇਸਿ ਨ ਜਾਣੀ ॥ ਸਤਿਗੁਰੁ ਅਲਖੁ ਕਹਹੁ ਕਿਉ ਲਖੀਐ ਜਿਸੁ ਬਖਸੇ ਤਿਸਹਿ ਪਛਾਤਾ ਹੇ ॥੧੪॥ ਅੰਤਰਿ ਪ੍ਰੇਮੁ ਪਰਾਪਤਿ ਦਰਸਨੁ ॥ ਗੁਰਬਾਣੀ ਸਿਉ ਪ੍ਰੀਤਿ ਸੁ ਪਰਸਨੁ ॥ ਅਹਿਨਿਸਿ ਨਿਰਮਲ ਜੋਤਿ ਸਬਾਈ ਘਟਿ ਦੀਪਕੁ ਗੁਰਮੁਖਿ ਜਾਤਾ ਹੇ ॥੧੫॥ ਭੋਜਨ ਗਿਆਨੁ ਮਹਾ ਰਸੁ ਮੀਠਾ ॥ ਜਿਨਿ ਚਾਖਿਆ ਤਿਨਿ ਦਰਸਨੁ ਡੀਠਾ ॥ ਦਰਸਨੁ ਦੇਖਿ ਮਿਲੇ ਬੈਰਾਗੀ ਮਨੁ ਮਨਸਾ ਮਾਰਿ ਸਮਾਤਾ ਹੇ ॥੧੬॥ ਸਤਿਗੁਰੁ ਸੇਵਹਿ ਸੇ ਪਰਧਾਨਾ ॥ ਤਿਨ ਘਟ ਘਟ ਅੰਤਰਿ ਬ੍ਰਹਮੁ ਪਛਾਨਾ ॥ ਨਾਨਕ ਹਰਿ ਜਸੁ ਹਰਿ ਜਨ ਕੀ ਸੰਗਤਿ ਦੀਜੈ ਜਿਨ ਸਤਿਗੁਰੁ ਹਰਿ ਪ੍ਰਭੁ ਜਾਤਾ ਹੇ ॥੧੭॥੫॥੧੧॥ ਮਾਰੂ ਮਹਲਾ ੧ ॥ ਸਾਚੇ ਸਾਹਿਬ ਸਿਰਜਣਹਾਰੇ ॥ ਜਿਨਿ ਧਰ ਚਕ੍ਰ ਧਰੇ ਵੀਚਾਰੇ ॥ ਆਪੇ ਕਰਤਾ ਕਰਿ ਕਰਿ ਵੇਖੈ ਸਾਚਾ ਵੇਪਰਵਾਹਾ ਹੇ ॥੧॥ ਵੇਕੀ ਵੇਕੀ ਜੰਤ ਉਪਾਏ ॥ ਦੁਇ ਪੰਦੀ ਦੁਇ ਰਾਹ ਚਲਾਏ ॥ ਗੁਰ ਪੂਰੇ ਵਿਣੁ ਮੁਕਤਿ ਨ ਹੋਈ ਸਚੁ ਨਾਮੁ ਜਪਿ ਲਾਹਾ ਹੇ ॥੨॥ ਪੜਹਿ ਮਨਮੁਖ ਪਰੁ ਬਿਧਿ ਨਹੀ ਜਾਨਾ ॥ ਨਾਮੁ ਨ ਬੂਝਹਿ ਭਰਮਿ ਭੁਲਾਨਾ ॥ ਲੈ ਕੈ ਵਢੀ ਦੇਨਿ ਉਗਾਹੀ ਦੁਰਮਤਿ ਕਾ ਗਲਿ ਫਾਹਾ ਹੇ ॥੩॥ ਸਿਮ੍ਰਿਤਿ ਸਾਸਤ੍ਰ ਪੜਹਿ ਪੁਰਾਣਾ ॥ ਵਾਦੁ ਵਖਾਣਹਿ ਤਤੁ ਨ ਜਾਣਾ ॥ ਵਿਣੁ ਗੁਰ ਪੂਰੇ ਤਤੁ ਨ ਪਾਈਐ ਸਚ ਸੂਚੇ ਸਚੁ ਰਾਹਾ ਹੇ ॥੪॥ ਸਭ ਸਾਲਾਹੇ ਸੁਣਿ ਸੁਣਿ ਆਖੈ ॥ ਆਪੇ ਦਾਨਾ ਸਚੁ ਪਰਾਖੈ ॥ ਜਿਨ ਕਉ ਨਦਰਿ ਕਰੇ ਪ੍ਰਭ ਅਪਨੀ ਗੁਰਮੁਖਿ ਸਬਦੁ ਸਲਾਹਾ ਹੇ ॥੫॥ ਸੁਣਿ ਸੁਣਿ ਆਖੈ ਕੇਤੀ ਬਾਣੀ ॥ ਸੁਣਿ ਕਹੀਐ ਕੋ ਅੰਤੁ ਨ ਜਾਣੀ ॥ ਜਾ ਕਉ ਅਲਖੁ ਲਖਾਏ ਆਪੇ ਅਕਥ ਕਥਾ ਬੁਧਿ ਤਾਹਾ ਹੇ ॥੬॥ ਜਨਮੇ ਕਉ ਵਾਜਹਿ ਵਾਧਾਏ ॥ ਸੋਹਿਲੜੇ ਅਗਿਆਨੀ ਗਾਏ ॥ ਜੋ ਜਨਮੈ ਤਿਸੁ ਸਰਪਰ ਮਰਣਾ ਕਿਰਤੁ

ਪਇਆ ਸਿਰਿ ਸਾਹਾ ਹੇ ॥੭॥ ਸੰਜੋਗੁ ਵਿਜੋਗੁ ਮੇਰੈ ਪ੍ਰਭਿ ਕੀਏ ॥ ਸ੍ਰਿਸਟਿ ਉਪਾਇ ਦੁਖਾ ਸੁਖ ਦੀਏ ॥ ਦੁਖ ਸੁਖ ਹੀ ਤੇ ਭਏ ਨਿਰਾਲੇ ਗੁਰਮੁਖਿ ਸੀਲੁ ਸਨਾਹਾ ਹੇ ॥੮॥ ਨੀਕੇ ਸਾਚੇ ਕੇ ਵਾਪਾਰੀ ॥ ਸਚੁ ਸਉਦਾ ਲੈ ਗੁਰ ਵੀਚਾਰੀ ॥ ਸਚਾ ਵਖਰੁ ਜਿਸੁ ਧਨੁ ਪਲੈ ਸਬਦਿ ਸਚੈ ਓਮਾਹਾ ਹੇ ॥੯॥ ਕਾਚੀ ਸਉਦੀ ਤੋਟਾ ਆਵੈ ॥ ਗੁਰਮੁਖਿ ਵਣਜੁ ਕਰੇ ਪ੍ਰਭ ਭਾਵੈ ॥ ਪੂੰਜੀ ਸਾਬਤੁ ਰਾਸਿ ਸਲਾਮਤਿ ਚੂਕਾ ਜਮ ਕਾ ਫਾਹਾ ਹੇ ॥੧●॥ ਸਭੁ ਕੋ ਬੋਲੈ ਆਪਣ ਭਾਣੈ ॥ ਮਨਮੁਖੁ ਦੂਜੈ ਬੋਲਿ ਨ ਜਾਣੈ ॥ ਅੰਧੁਲੇ ਕੀ ਮਤਿ ਅੰਧਲੀ ਬੋਲੀ ਆਇ ਗਇਆ ਦੁਖੁ ਤਾਹਾ ਹੇ ॥੧੧॥ ਦੁਖ ਮਹਿ ਜਨਮੈ ਦੁਖ ਮਹਿ ਮਰਣਾ ॥ ਦੂਖੁ ਨ ਮਿਟੈ ਬਿਨੁ ਗੁਰ ਕੀ ਸਰਣਾ ॥ ਦੂਖੀ ਉਪਜੈ ਦੂਖੀ ਬਿਨਸੈ ਕਿਆ ਲੈ ਆਇਆ ਕਿਆ ਲੈ ਜਾਹਾ ਹੇ ॥੧੨॥ ਸਚੀ ਕਰਣੀ ਗੁਰ ਕੀ ਸਿਰਕਾਰਾ ॥ ਆਵਣੁ ਜਾਣੁ ਨਹੀ ਜਮ ਧਾਰਾ ॥ ਡਾਲ ਛੋਡਿ ਤਤੁ ਮੂਲੁ ਪਰਾਤਾ ਮਨਿ ਸਾਚਾ ਓਮਾਹਾ ਹੇ ॥੧੩॥ ਹਰਿ ਕੇ ਲੋਗ ਨਹੀ ਜਮੁ ਮਾਰੈ ॥ ਨਾ ਦੁਖੁ ਦੇਖਹਿ ਪੰਥਿ ਕਰਾਰੈ ॥ ਰਾਮ ਨਾਮੁ ਘਟ ਅੰਤਰਿ ਪੂਜਾ ਅਵਰੁ ਨ ਦੂਜਾ ਕਾਹਾ ਹੇ ॥੧੪॥ ਓੜੁ ਨ ਕਥਨੈ ਸਿਫਤਿ ਸਜਾਈ ॥ ਜਿਉ ਤੁਧੁ ਭਾਵਹਿ ਰਹਹਿ ਰਜਾਈ ॥ ਦਰਗਹ ਪੈਧੇ ਜਾਨਿ ਸੁਹੇਲੇ ਹੁਕਮਿ ਸਚੇ ਪਾਤਿਸਾਹਾ ਹੇ ॥੧੫॥ ਕਿਆ ਕਹੀਐ ਗੁਣ ਕਥਹਿ ਘਨੇਰੇ ॥ ਅੰਤੁ ਨ ਪਾਵਹਿ ਵਡੇ ਵਡੇਰੇ ॥ ਨਾਨਕ ਸਾਚੁ ਮਿਲੈ ਪਤਿ ਰਾਖਹੁ ਤੂ ਸਿਰਿ ਸਾਹਾ ਪਾਤਿਸਾਹਾ ਹੇ ॥੧੬॥੬॥੧੨॥ ਮਾਰੂ ਮਹਲਾ ੧ ਦਖਣੀ ॥ ਕਾਇਆ ਨਗਰੁ ਨਗਰ ਗੜ ਅੰਦਰਿ ॥ ਸਾਚਾ ਵਾਸਾ ਪੁਰਿ ਗਗਨੰਦਰਿ ॥ ਅਸਥਿਰੁ ਥਾਨੁ ਸਦਾ ਨਿਰਮਾਇਲੁ ਆਪੇ ਆਪੁ ਉਪਾਇਦਾ ॥੧॥ ਅੰਦਰਿ ਕੋਟ ਛਜੇ ਹਟਨਾਲੇ ॥ ਆਪੇ ਲੇਵੈ ਵਸਤੁ ਸਮਾਲੇ ॥ ਬਜਰ ਕਪਾਟ ਜੜੇ ਜੜਿ ਜਾਣੈ ਗੁਰ ਸਬਦੀ ਖੋਲਾਇਦਾ ॥੨॥ ਭੀਤਰਿ ਕੋਟ ਗੁਫਾ ਘਰ ਜਾਈ ॥ ਨਉ ਘਰ ਥਾਪੇ ਹੁਕਮਿ ਰਜਾਈ ॥ ਦਸਵੈ ਪੁਰਖੁ ਅਲੇਖੁ ਅਪਾਰੀ ਆਪੇ ਅਲਖੁ ਲਖਾਇਦਾ ॥੩॥ ਪਉਣ ਪਾਣੀ ਅਗਨੀ ਇਕ ਵਾਸਾ ॥ ਆਪੇ ਕੀਤੋ ਖੇਲੁ ਤਮਾਸਾ ॥ ਬਲਦੀ ਜਲਿ ਨਿਵਰੈ ਕਿਰਪਾ ਤੇ ਆਪੇ ਜਲ ਨਿਧਿ ਪਾਇਦਾ ॥੪॥ ਧਰਤਿ ਉਪਾਇ ਧਰੀ ਧਰਮ ਸਾਲਾ ॥ ਉਤਪਤਿ ਪਰਲਉ ਆਪਿ ਨਿਰਾਲਾ ॥ ਪਵਣੈ ਖੇਲੁ ਕੀਆ ਸਭ ਥਾਈ ਕਲਾ ਖਿੰਚਿ ਢਾਹਾਇਦਾ ॥੫॥ ਭਾਰ ਅਠਾਰਹ ਮਾਲਣਿ ਤੇਰੀ ॥ ਚਉਰੁ ਢੁਲੈ ਪਵਣੈ ਲੈ ਫੇਰੀ ॥ ਚੰਦੁ ਸੂਰਜੁ ਦੁਇ ਦੀਪਕ ਰਾਖੇ ਸਸਿ ਘਰਿ ਸੂਰੁ ਸਮਾਇਦਾ

॥੬॥ ਪੰਖੀ ਪੰਚ ਉਡਰਿ ਨਹੀ ਧਾਵਹਿ ॥ ਸਫਲਿਓ ਬਿਰਖੁ ਅੰਮ੍ਰਿਤ ਫਲੁ ਪਾਵਹਿ ॥ ਗੁਰਮੁਖਿ ਸਹਜਿ ਰਵੈ ਗੁਣ ਗਾਵੈ ਹਰਿ ਰਸੁ ਚੋਗ ਚੁਗਾਇਦਾ ॥੭॥ ਝਿਲਮਿਲ ਝਿਲਕੈ ਚੰਦੁ ਨ ਤਾਰਾ ॥ ਸੂਰਜ ਕਿਰਣਿ ਨ ਬਿਜੁਲਿ ਗੈਣਾਰਾ ॥ ਅਕਥੀ ਕਥਉ ਚਿਹਨੁ ਨਹੀ ਕੋਈ ਪੂਰਿ ਰਹਿਆ ਮਨਿ ਭਾਇਦਾ ॥੮॥ ਪਸਰੀ ਕਿਰਣਿ ਜੋਤਿ ਉਜਿਆਲਾ ॥ ਕਰਿ ਕਰਿ ਦੇਖੈ ਆਪਿ ਦਇਆਲਾ ॥ ਅਨਹਦ ਰੁਣ ਝੁਣਕਾਰੁ ਸਦਾ ਧੁਨਿ ਨਿਰਭਉ ਕੈ ਘਰਿ ਵਾਇਦਾ ॥੯॥ ਅਨਹਦੁ ਵਾਜੈ ਭ੍ਰਮੁ ਭਉ ਭਾਜੈ ॥ ਸਗਲ ਬਿਆਪਿ ਰਹਿਆ ਪ੍ਰਭੁ ਛਾਜੈ ॥ ਸਭ ਤੇਰੀ ਤੂ ਗੁਰਮੁਖਿ ਜਾਤਾ ਦਰਿ ਸੋਹੈ ਗੁਣ ਗਾਇਦਾ ॥੧●॥ ਆਦਿ ਨਿਰੰਜਨੁ ਨਿਰਮਲੁ ਸੋਈ ॥ ਅਵਰੁ ਨ ਜਾਣਾ ਦੂਜਾ ਕੋਈ ॥ ਏਕੰਕਾਰੁ ਵਸੈ ਮਨਿ ਭਾਵੈ ਹਉਮੈ ਗਰਬੁ ਗਵਾਇਦਾ ॥੧੧॥ ਅੰਮ੍ਰਿਤੁ ਪੀਆ ਸਤਿਗੁਰਿ ਦੀਆ ॥ ਅਵਰੁ ਨ ਜਾਣਾ ਦੂਆ ਤੀਆ ॥ ਏਕੋ ਏਕੁ ਸੁ ਅਪਰ ਪਰੰਪਰੁ ਪਰਖਿ ਖਜਾਨੈ ਪਾਇਦਾ ॥੧੨॥ ਗਿਆਨੁ ਧਿਆਨੁ ਸਚੁ ਗਹਿਰ ਗੰਭੀਰਾ ॥ ਕੋਇ ਨ ਜਾਣੈ ਤੇਰਾ ਚੀਰਾ ॥ ਜੇਤੀ ਹੈ ਤੇਤੀ ਤੁਧੁ ਜਾਚੈ ਕਰਮਿ ਮਿਲੈ ਸੋ ਪਾਇਦਾ ॥੧੩॥ ਕਰਮੁ ਧਰਮੁ ਸਚੁ ਹਾਥਿ ਤੁਮਾਰੈ ॥ ਵੇਪਰਵਾਹ ਅਖੁਟ ਭੰਡਾਰੈ ॥ ਤੂ ਦਇਆਲੁ ਕਿਰਪਾਲੁ ਸਦਾ ਪ੍ਰਭੁ ਆਪੇ ਮੇਲਿ ਮਿਲਾਇਦਾ ॥੧੪॥ ਆਪੇ ਦੇਖਿ ਦਿਖਾਵੈ ਆਪੇ ॥ ਆਪੇ ਥਾਪਿ ਉਥਾਪੇ ਆਪੇ ॥ ਆਪੇ ਜੋੜਿ ਵਿਛੋੜੇ ਕਰਤਾ ਆਪੇ ਮਾਰਿ ਜੀਵਾਇਦਾ ॥੧੫॥ ਜੇਤੀ ਹੈ ਤੇਤੀ ਤੁਧੁ ਅੰਦਰਿ ॥ ਦੇਖਹਿ ਆਪਿ ਬੈਸਿ ਬਿਜ ਮੰਦਰਿ ॥ ਨਾਨਕੁ ਸਾਚੁ ਕਹੈ ਬੇਨੰਤੀ ਹਰਿ ਦਰਸਨਿ ਸੁਖੁ ਪਾਇਦਾ ॥੧੬॥੧॥੧੩॥ ਮਾਰੂ ਮਹਲਾ ੧ ॥ ਦਰਸਨੁ ਪਾਵਾ ਜੇ ਤੁਧੁ ਭਾਵਾ ॥ ਭਾਇ ਭਗਤਿ ਸਾਚੇ ਗੁਣ ਗਾਵਾ ॥ ਤੁਧੁ ਭਾਣੇ ਤੂ ਭਾਵਹਿ ਕਰਤੇ ਆਪੇ ਰਸਨ ਰਸਾਇਦਾ ॥੧॥ ਸੋਹਨਿ ਭਗਤ ਪ੍ਰਭੂ ਦਰਬਾਰੇ ॥ ਮੁਕਤੁ ਭਏ ਹਰਿ ਦਾਸ ਤੁਮਾਰੇ ॥ ਆਪੁ ਗਵਾਇ ਤੇਰੈ ਰੰਗਿ ਰਾਤੇ ਅਨਦਿਨੁ ਨਾਮੁ ਧਿਆਇਦਾ ॥੨॥ ਈਸਰੁ ਬ੍ਰਹਮਾ ਦੇਵੀ ਦੇਵਾ ॥ ਇੰਦ੍ਰ ਤਪੇ ਮੁਨਿ ਤੇਰੀ ਸੇਵਾ ॥ ਜਤੀ ਸਤੀ ਕੇਤੇ ਬਨਵਾਸੀ ਅੰਤੁ ਨ ਕੋਈ ਪਾਇਦਾ ॥੩॥ ਵਿਣੁ ਜਾਣਾਏ ਕੋਇ ਨ ਜਾਣੈ ॥ ਜੋ ਕਿਛੁ ਕਰੇ ਸੁ ਆਪਣ ਭਾਣੈ ॥ ਲਖ ਚਉਰਾਸੀਹ ਜੀਅ ਉਪਾਏ ਭਾਣੈ ਸਾਹ ਲਵਾਇਦਾ ॥੪॥ ਜੋ ਤਿਸੁ ਭਾਵੈ ਸੋ ਨਿਹਚਉ ਹੋਵੈ ॥ ਮਨਮੁਖੁ ਆਪੁ ਗਣਾਏ ਰੋਵੈ ॥ ਨਾਵਹੁ ਭੁਲਾ ਠਉਰ ਨ ਪਾਏ ਆਇ ਜਾਇ ਦੁਖੁ ਪਾਇਦਾ ॥੫॥ ਨਿਰਮਲ ਕਾਇਆ ਊਜਲ ਹੰਸਾ ॥ ਤਿਸੁ

ਵਿਚਿ ਨਾਮੁ ਨਿਰੰਜਨ ਅੰਸਾ ॥ ਸਗਲੇ ਦੂਖ ਅੰਮ੍ਰਿਤੁ ਕਰਿ ਪੀਵੈ ਬਾਹੁੜਿ ਦੂਖੁ ਨ ਪਾਇਦਾ ॥੬॥ ਬਹੁ ਸਾਦਹੁ ਦੂਖੁ ਪਰਾਪਤਿ ਹੋਵੈ ॥ ਭੋਗਹੁ ਰੋਗ ਸੁ ਅੰਤਿ ਵਿਗੋਵੈ ॥ ਹਰਖਹੁ ਸੋਗੁ ਨ ਮਿਟਈ ਕਬਹੂ ਵਿਣੁ ਭਾਣੇ ਭਰਮਾਇਦਾ ॥੭॥ ਗਿਆਨ ਵਿਹੂਣੀ ਭਵੈ ਸਬਾਈ ॥ ਸਾਚਾ ਰਵਿ ਰਹਿਆ ਲਿਵ ਲਾਈ ॥ ਨਿਰਭਉ ਸਬਦੁ ਗੁਰੂ ਸਚੁ ਜਾਤਾ ਜੋਤੀ ਜੋਤਿ ਮਿਲਾਇਦਾ ॥੮॥ ਅਟਲੁ ਅਡੋਲੁ ਅਤੋਲੁ ਮੁਰਾਰੇ ॥ ਖਿਨ ਮਹਿ ਢਾਹਿ ਫੇਰਿ ਉਸਾਰੇ ॥ ਰੂਪੁ ਨ ਰੇਖਿਆ ਮਿਤਿ ਨਹੀ ਕੀਮਤਿ ਸਬਦਿ ਭੇਦਿ ਪਤੀਆਇਦਾ ॥੯॥ ਹਮ ਦਾਸਨ ਕੇ ਦਾਸ ਪਿਆਰੇ ॥ ਸਾਧਿਕ ਸਾਚ ਭਲੇ ਵੀਚਾਰੇ ॥ ਮੰਨੇ ਨਾਉ ਸੋਈ ਜਿਣਿ ਜਾਸੀ ਆਪੇ ਸਾਚੁ ਦ੍ਰਿੜਾਇਦਾ ॥੧੦॥ ਪਲੈ ਸਾਚੁ ਸਚੇ ਸਚਿਆਰਾ ॥ ਸਾਚੇ ਭਾਵੈ ਸਬਦੁ ਪਿਆਰਾ ॥ ਤ੍ਰਿਭਵਣਿ ਸਾਚੁ ਕਲਾ ਧਰਿ ਥਾਪੀ ਸਾਚੇ ਹੀ ਪਤੀਆਇਦਾ ॥੧੧॥ ਵਡਾ ਵਡਾ ਆਖੈ ਸਭੁ ਕੋਈ ॥ ਗੁਰ ਬਿਨੁ ਸੋਝੀ ਕਿਨੈ ਨ ਹੋਈ ॥ ਸਾਚਿ ਮਿਲੈ ਸੋ ਸਾਚੇ ਭਾਏ ਨਾ ਵੀਛੁੜਿ ਦੁਖੁ ਪਾਇਦਾ ॥੧੨॥ ਧੁਰਹੁ ਵਿਛੁੰਨੇ ਧਾਹੀ ਰੁੰਨੇ ॥ ਮਰਿ ਮਰਿ ਜਨਮਹਿ ਮੁਹਲਤਿ ਪੁੰਨੇ ॥ ਜਿਸੁ ਬਖਸੇ ਤਿਸੁ ਦੇ ਵਡਿਆਈ ਮੇਲਿ ਨ ਪਛੋਤਾਇਦਾ ॥੧੩॥ ਆਪੇ ਕਰਤਾ ਆਪੇ ਭੁਗਤਾ ॥ ਆਪੇ ਤ੍ਰਿਪਤਾ ਆਪੇ ਮੁਕਤਾ ॥ ਆਪੇ ਮੁਕਤਿ ਦਾਨੁ ਮੁਕਤੀਸਰੁ ਮਮਤਾ ਮੋਹੁ ਚੁਕਾਇਦਾ ॥੧੪॥ ਦਾਨਾ ਕੈ ਸਿਰਿ ਦਾਨੁ ਵੀਚਾਰਾ ॥ ਕਰਣ ਕਾਰਣ ਸਮਰਥੁ ਅਪਾਰਾ ॥ ਕਰਿ ਕਰਿ ਵੇਖੈ ਕੀਤਾ ਅਪਣਾ ਕਰਣੀ ਕਾਰ ਕਰਾਇਦਾ ॥੧੫॥ ਸੇ ਗੁਣ ਗਾਵਹਿ ਸਾਚੇ ਭਾਵਹਿ ॥ ਤੁਝ ਤੇ ਉਪਜਹਿ ਤੁਝ ਮਾਹਿ ਸਮਾਵਹਿ ॥ ਨਾਨਕੁ ਸਾਚੁ ਕਹੈ ਬੇਨੰਤੀ ਮਿਲਿ ਸਾਚੇ ਸੁਖੁ ਪਾਇਦਾ ॥੧੬॥੨॥੧੪॥ ਮਾਰੂ ਮਹਲਾ ੧ ॥ ਅਰਬਦ ਨਰਬਦ ਧੁੰਧੂਕਾਰਾ ॥ ਧਰਣਿ ਨ ਗਗਨਾ ਹੁਕਮੁ ਅਪਾਰਾ ॥ ਨਾ ਦਿਨੁ ਰੈਨਿ ਨ ਚੰਦੁ ਨ ਸੂਰਜੁ ਸੁੰਨ ਸਮਾਧਿ ਲਗਾਇਦਾ ॥੧॥ ਖਾਣੀ ਨ ਬਾਣੀ ਪਉਣ ਨ ਪਾਣੀ ॥ ਓਪਤਿ ਖਪਤਿ ਨ ਆਵਣ ਜਾਣੀ ॥ ਖੰਡ ਪਤਾਲ ਸਪਤ ਨਹੀ ਸਾਗਰ ਨਦੀ ਨ ਨੀਰੁ ਵਹਾਇਦਾ ॥੨॥ ਨਾ ਤਦਿ ਸੁਰਗੁ ਮਛੁ ਪਇਆਲਾ ॥ ਦੋਜਕੁ ਭਿਸਤੁ ਨਹੀ ਖੈ ਕਾਲਾ ॥ ਨਰਕੁ ਸੁਰਗੁ ਨਹੀ ਜੰਮਣੁ ਮਰਣਾ ਨਾ ਕੋ ਆਇ ਨ ਜਾਇਦਾ ॥੩॥ ਬ੍ਰਹਮਾ ਬਿਸਨੁ ਮਹੇਸੁ ਨ ਕੋਈ ॥ ਅਵਰੁ ਨ ਦੀਸੈ ਏਕੋ ਸੋਈ ॥ ਨਾਰਿ ਪੁਰਖੁ ਨਹੀ ਜਾਤਿ ਨ ਜਨਮਾ ਨਾ ਕੋ ਦੁਖੁ ਸੁਖੁ ਪਾਇਦਾ ॥੪॥ ਨਾ ਤਦਿ ਜਤੀ ਸਤੀ ਬਨਵਾਸੀ ॥ ਨਾ ਤਦਿ ਸਿਧ ਸਾਧਿਕ ਸੁਖਵਾਸੀ ॥ ਜੋਗੀ ਜੰਗਮ

ਭੇਖੁ ਨ ਕੋਈ ਨਾ ਕੋ ਨਾਥੁ ਕਹਾਇਦਾ ॥੫॥ ਜਪ ਤਪ ਸੰਜਮ ਨਾ ਬ੍ਰਤ ਪੂਜਾ ॥ ਨਾ ਕੋ ਆਖਿ ਵਖਾਣੈ ਦੂਜਾ ॥ ਆਪੇ ਆਪਿ ਉਪਾਇ ਵਿਗਸੈ ਆਪੇ ਕੀਮਤਿ ਪਾਇਦਾ ॥੬॥ ਨਾ ਸੁਚਿ ਸੰਜਮੁ ਤੁਲਸੀ ਮਾਲਾ ॥ ਗੋਪੀ ਕਾਨੁ ਨ ਗਊ ਗੋੁਆਲਾ ॥ ਤੰਤੁ ਮੰਤੁ ਪਾਖੰਡੁ ਨ ਕੋਈ ਨਾ ਕੋ ਵੰਸੁ ਵਜਾਇਦਾ ॥੭॥ ਕਰਮ ਧਰਮ ਨਹੀ ਮਾਇਆ ਮਾਖੀ ॥ ਜਾਤਿ ਜਨਮੁ ਨਹੀ ਦੀਸੈ ਆਖੀ ॥ ਮਮਤਾ ਜਾਲੁ ਕਾਲੁ ਨਹੀ ਮਾਥੈ ਨਾ ਕੋ ਕਿਸੈ ਧਿਆਇਦਾ ॥੮॥ ਨਿੰਦੁ ਬਿੰਦੁ ਨਹੀ ਜੀਉ ਨ ਜਿੰਦੋ ॥ ਨਾ ਤਦਿ ਗੋਰਖੁ ਨ ਮਾਛਿੰਦੋ ॥ ਨਾ ਤਦਿ ਗਿਆਨੁ ਧਿਆਨੁ ਕੁਲ ਓਪਤਿ ਨਾ ਕੋ ਗਣਤ ਗਣਾਇਦਾ ॥੯॥ ਵਰਨ ਭੇਖ ਨਹੀ ਬ੍ਰਹਮਣ ਖਤ੍ਰੀ ॥ ਦੇਉ ਨ ਦੇਹੁਰਾ ਗਊ ਗਾਇਤ੍ਰੀ ॥ ਹੋਮ ਜਗ ਨਹੀ ਤੀਰਥਿ ਨਾਵਣੁ ਨਾ ਕੋ ਪੂਜਾ ਲਾਇਦਾ ॥੧੦॥ ਨਾ ਕੋ ਮੁਲਾ ਨਾ ਕੋ ਕਾਜੀ ॥ ਨਾ ਕੋ ਸੇਖੁ ਮਸਾਇਕੁ ਹਾਜੀ ॥ ਰਈਅਤਿ ਰਾਉ ਨ ਹਉਮੈ ਦੁਨੀਆ ਨਾ ਕੋ ਕਹਣੁ ਕਹਾਇਦਾ ॥੧੧॥ ਭਾਉ ਨ ਭਗਤੀ ਨਾ ਸਿਵ ਸਕਤੀ ॥ ਸਾਜਨੁ ਮੀਤੁ ਬਿੰਦੁ ਨਹੀ ਰਕਤੀ ॥ ਆਪੇ ਸਾਹੁ ਆਪੇ ਵਣਜਾਰਾ ਸਾਚੇ ਏਹੋ ਭਾਇਦਾ ॥੧੨॥ ਬੇਦ ਕਤੇਬ ਨ ਸਿੰਮ੍ਰਿਤਿ ਸਾਸਤ ॥ ਪਾਠ ਪੁਰਾਣ ਉਦੈ ਨਹੀ ਆਸਤ ॥ ਕਹਤਾ ਬਕਤਾ ਆਪਿ ਅਗੋਚਰੁ ਆਪੇ ਅਲਖੁ ਲਖਾਇਦਾ ॥੧੩॥ ਜਾ ਤਿਸੁ ਭਾਣਾ ਤਾ ਜਗਤੁ ਉਪਾਇਆ ॥ ਬਾਝੁ ਕਲਾ ਆਡਾਣੁ ਰਹਾਇਆ ॥ ਬ੍ਰਹਮਾ ਬਿਸਨੁ ਮਹੇਸੁ ਉਪਾਏ ਮਾਇਆ ਮੋਹੁ ਵਧਾਇਦਾ ॥੧੪॥ ਵਿਰਲੇ ਕਉ ਗੁਰ ਸਬਦੁ ਸੁਣਾਇਆ ॥ ਕਰਿ ਕਰਿ ਦੇਖੈ ਹੁਕਮੁ ਸਬਾਇਆ ॥ ਖੰਡ ਬ੍ਰਹਮੰਡ ਪਾਤਾਲ ਅਰੰਭੇ ਗੁਪਤਹੁ ਪਰਗਟੀ ਆਇਦਾ ॥੧੫॥ ਤਾ ਕਾ ਅੰਤੁ ਨ ਜਾਣੈ ਕੋਈ ॥ ਪੂਰੇ ਗੁਰ ਤੇ ਸੋਝੀ ਹੋਈ ॥ ਨਾਨਕ ਸਾਚਿ ਰਤੇ ਬਿਸਮਾਦੀ ਬਿਸਮ ਭਏ ਗੁਣ ਗਾਇਦਾ ॥੧੬॥੩॥੧੫॥ ਮਾਰੂ ਮਹਲਾ ੧ ॥ ਆਪੇ ਆਪੁ ਉਪਾਇ ਨਿਰਾਲਾ ॥ ਸਾਚਾ ਥਾਨੁ ਕੀਓ ਦਇਆਲਾ ॥ ਪਉਣ ਪਾਣੀ ਅਗਨੀ ਕਾ ਬੰਧਨੁ ਕਾਇਆ ਕੋਟੁ ਰਚਾਇਦਾ ॥੧॥ ਨਉ ਘਰੁ ਥਾਪੇ ਥਾਪਣਹਾਰੈ ॥ ਦਸਵੈ ਵਾਸਾ ਅਲਖ ਅਪਾਰੈ ॥ ਸਾਇਰ ਸਪਤ ਭਰੇ ਜਲਿ ਨਿਰਮਲਿ ਗੁਰਮੁਖਿ ਮੈਲੁ ਨ ਲਾਇਦਾ ॥੨॥ ਰਵਿ ਸਸਿ ਦੀਪਕ ਜੋਤਿ ਸਬਾਈ ॥ ਆਪੇ ਕਰਿ ਵੇਖੈ ਵਡਿਆਈ ॥ ਜੋਤਿ ਸਰੂਪ ਸਦਾ ਸੁਖਦਾਤਾ ਸਚੇ ਸੋਭਾ ਪਾਇਦਾ ॥੩॥ ਗੜ ਮਹਿ ਹਾਟ ਪਟਣ ਵਾਪਾਰਾ ॥ ਪੂਰੈ ਤੋਲਿ ਤੋਲੈ ਵਣਜਾਰਾ ॥ ਆਪੇ ਰਤਨੁ ਵਿਸਾਹੇ ਲੇਵੈ ਆਪੇ ਕੀਮਤਿ ਪਾਇਦਾ ॥੪॥ ਕੀਮਤਿ ਪਾਈ ਪਾਵਣਹਾਰੈ

॥ ਵੇਪਰਵਾਹ ਪੂਰੇ ਭੰਡਾਰੈ ॥ ਸਰਬ ਕਲਾ ਲੇ ਆਪੇ ਰਹਿਆ ਗੁਰਮੁਖਿ ਕਿਸੈ ਬੁਝਾਇਦਾ ॥੫॥ ਨਦਰਿ ਕਰੇ ਪੂਰਾ ਗੁਰੁ ਭੇਟੈ ॥ ਜਮ ਜੰਦਾਰੁ ਨ ਮਾਰੈ ਫੇਟੈ ॥ ਜਿਉ ਜਲ ਅੰਤਰਿ ਕਮਲੁ ਬਿਗਾਸੀ ਆਪੇ ਬਿਗਸਿ ਧਿਆਇਦਾ ॥੬॥ ਆਪੇ ਵਰਖੈ ਅੰਮ੍ਰਿਤ ਧਾਰਾ ॥ ਰਤਨ ਜਵੇਹਰ ਲਾਲ ਅਪਾਰਾ ॥ ਸਤਿਗੁਰੁ ਮਿਲੈ ਤ ਪੂਰਾ ਪਾਈਐ ਪ੍ਰੇਮ ਪਦਾਰਥੁ ਪਾਇਦਾ ॥੭॥ ਪ੍ਰੇਮ ਪਦਾਰਥੁ ਲਹੈ ਅਮੋਲੋ ॥ ਕਬ ਹੀ ਨ ਘਾਟਸਿ ਪੂਰਾ ਤੋਲੋ ॥ ਸਚੇ ਕਾ ਵਾਪਾਰੀ ਹੋਵੈ ਸਚੋ ਸਉਦਾ ਪਾਇਦਾ ॥੮॥ ਸਚਾ ਸਉਦਾ ਵਿਰਲਾ ਕੋ ਪਾਏ ॥ ਪੂਰਾ ਸਤਿਗੁਰੁ ਮਿਲੈ ਮਿਲਾਏ ॥ ਗੁਰਮੁਖਿ ਹੋਇ ਸੁ ਹੁਕਮੁ ਪਛਾਣੈ ਮਾਨੈ ਹੁਕਮੁ ਸਮਾਇਦਾ ॥੯॥ ਹੁਕਮੇ ਆਇਆ ਹੁਕਮਿ ਸਮਾਇਆ ॥ ਹੁਕਮੇ ਦੀਸੈ ਜਗਤੁ ਉਪਾਇਆ ॥ ਹੁਕਮੇ ਸੁਰਗੁ ਮਛੁ ਪਇਆਲਾ ਹੁਕਮੇ ਕਲਾ ਰਹਾਇਦਾ ॥੧੦॥ ਹੁਕਮੇ ਧਰਤੀ ਧਉਲ ਸਿਰਿ ਭਾਰੰ ॥ ਹੁਕਮੇ ਪਉਣ ਪਾਣੀ ਗੈਣਾਰੰ ॥ ਹੁਕਮੇ ਸਿਵ ਸਕਤੀ ਘਰਿ ਵਾਸਾ ਹੁਕਮੇ ਖੇਲ ਖੇਲਾਇਦਾ ॥੧੧॥ ਹੁਕਮੇ ਆਡਾਣੇ ਆਗਾਸੀ ॥ ਹੁਕਮੇ ਜਲ ਥਲ ਤ੍ਰਿਭਵਣ ਵਾਸੀ ॥ ਹੁਕਮੇ ਸਾਸ ਗਿਰਾਸ ਸਦਾ ਫੁਨਿ ਹੁਕਮੇ ਦੇਖਿ ਦਿਖਾਇਦਾ ॥੧੨॥ ਹੁਕਮਿ ਉਪਾਏ ਦਸ ਅਉਤਾਰਾ ॥ ਦੇਵ ਦਾਨਵ ਅਗਣਤ ਅਪਾਰਾ ॥ ਮਾਨੈ ਹੁਕਮੁ ਸੁ ਦਰਗਹ ਪੈਝੈ ਸਾਚਿ ਮਿਲਾਇ ਸਮਾਇਦਾ ॥੧੩॥ ਹੁਕਮੇ ਜੁਗ ਛਤੀਹ ਗੁਦਾਰੇ ॥ ਹੁਕਮੇ ਸਿਧ ਸਾਧਿਕ ਵੀਚਾਰੇ ॥ ਆਪਿ ਨਾਥੁ ਨਥੀਂ ਸਭ ਜਾ ਕੀ ਬਖਸੇ ਮੁਕਤਿ ਕਰਾਇਦਾ ॥੧੪॥ ਕਾਇਆ ਕੋਟੁ ਗੜੈ ਮਹਿ ਰਾਜਾ ॥ ਨੇਬ ਖਵਾਸ ਭਲਾ ਦਰਵਾਜਾ ॥ ਮਿਥਿਆ ਲੋਭੁ ਨਾਹੀ ਘਰਿ ਵਾਸਾ ਲਬਿ ਪਾਪਿ ਪਛੁਤਾਇਦਾ ॥੧੫॥ ਸਤੁ ਸੰਤੋਖੁ ਨਗਰ ਮਹਿ ਕਾਰੀ ॥ ਜਤੁ ਸਤੁ ਸੰਜਮੁ ਸਰਣਿ ਮੁਰਾਰੀ ॥ ਨਾਨਕ ਸਹਜਿ ਮਿਲੈ ਜਗਜੀਵਨੁ ਗੁਰ ਸਬਦੀ ਪਤਿ ਪਾਇਦਾ ॥੧੬॥੪॥੧੬॥ ਮਾਰੂ ਮਹਲਾ ੧ ॥ ਸੁੰਨ ਕਲਾ ਅਪਰੰਪਰਿ ਧਾਰੀ ॥ ਆਪਿ ਨਿਰਾਲਮੁ ਅਪਰ ਅਪਾਰੀ ॥ ਆਪੇ ਕੁਦਰਤਿ ਕਰਿ ਕਰਿ ਦੇਖੈ ਸੁੰਨਹੁ ਸੁੰਨੁ ਉਪਾਇਦਾ ॥੧॥ ਪਉਣੁ ਪਾਣੀ ਸੁੰਨੈ ਤੇ ਸਾਜੇ ॥ ਸ੍ਰਿਸਟਿ ਉਪਾਇ ਕਾਇਆ ਗੜ ਰਾਜੇ ॥ ਅਗਨਿ ਪਾਣੀ ਜੀਉ ਜੋਤਿ ਤੁਮਾਰੀ ਸੁੰਨੇ ਕਲਾ ਰਹਾਇਦਾ ॥੨॥ ਸੁੰਨਹੁ ਬ੍ਰਹਮਾ ਬਿਸਨੁ ਮਹੇਸੁ ਉਪਾਏ ॥ ਸੁੰਨੇ ਵਰਤੇ ਜੁਗ ਸਬਾਏ ॥ ਇਸੁ ਪਦ ਵੀਚਾਰੇ ਸੋ ਜਨੁ ਪੂਰਾ ਤਿਸੁ ਮਿਲੀਐ ਭਰਮੁ ਚੁਕਾਇਦਾ ॥੩॥ ਸੁੰਨਹੁ ਸਪਤ ਸਰੋਵਰ ਥਾਪੇ ॥ ਜਿਨਿ ਸਾਜੇ ਵੀਚਾਰੇ ਆਪੇ ॥ ਤਿਤੁ ਸਤ ਸਰਿ ਮਨੂਆ ਗੁਰਮੁਖਿ

ਨਾਵੈ ਫਿਰਿ ਬਾਹੁੜਿ ਜੋਨਿ ਨ ਪਾਇਦਾ ॥੪॥ ਸੁੰਨਹੁ ਚੰਦੁ ਸੂਰਜੁ ਗੈਣਾਰੇ ॥ ਤਿਸ ਕੀ ਜੋਤਿ ਤ੍ਰਿਭਵਣ ਸਾਰੇ ॥ ਸੁੰਨੇ ਅਲਖ ਅਪਾਰ ਨਿਰਾਲਮੁ ਸੁੰਨੇ ਤਾੜੀ ਲਾਇਦਾ ॥੫॥ ਸੁੰਨਹੁ ਧਰਤਿ ਅਕਾਸੁ ਉਪਾਏ ॥ ਬਿਨੁ ਥੰਮਾ ਰਾਖੇ ਸਚੁ ਕਲ ਪਾਏ ॥ ਤ੍ਰਿਭਵਣ ਸਾਜਿ ਮੇਖੁਲੀ ਮਾਇਆ ਆਪਿ ਉਪਾਇ ਖਪਾਇਦਾ ॥੬॥ ਸੁੰਨਹੁ ਖਾਣੀ ਸੁੰਨਹੁ ਬਾਣੀ ॥ ਸੁੰਨਹੁ ਉਪਜੀ ਸੁੰਨਿ ਸਮਾਣੀ ॥ ਉਤਭੁਜੁ ਚਲਤੁ ਕੀਆ ਸਿਰਿ ਕਰਤੈ ਬਿਸਮਾਦੁ ਸਬਦਿ ਦੇਖਾਇਦਾ ॥੭॥ ਸੁੰਨਹੁ ਰਾਤਿ ਦਿਨਸੁ ਦੁਇ ਕੀਏ ॥ ਓਪਤਿ ਖਪਤਿ ਸੁਖਾ ਦੁਖ ਦੀਏ ॥ ਸੁਖ ਦੁਖ ਹੀ ਤੇ ਅਮਰੁ ਅਤੀਤਾ ਗੁਰਮੁਖਿ ਨਿਜ ਘਰੁ ਪਾਇਦਾ ॥੮॥ ਸਾਮ ਵੇਦੁ ਰਿਗੁ ਜੁਜਰੁ ਅਥਰਬਣੁ ॥ ਬ੍ਰਹਮੇ ਮੁਖਿ ਮਾਇਆ ਹੈ ਤ੍ਰੈ ਗੁਣ ॥ ਤਾ ਕੀ ਕੀਮਤਿ ਕਹਿ ਨ ਸਕੈ ਕੋ ਤਿਉ ਬੋਲੇ ਜਿਉ ਬੋਲਾਇਦਾ ॥੯॥ ਸੁੰਨਹੁ ਸਪਤ ਪਾਤਾਲ ਉਪਾਏ ॥ ਸੁੰਨਹੁ ਭਵਣ ਰਖੇ ਲਿਵ ਲਾਏ ॥ ਆਪੇ ਕਾਰਣੁ ਕੀਆ ਅਪਰੰਪਰਿ ਸਭੁ ਤੇਰੋ ਕੀਆ ਕਮਾਇਦਾ ॥੧●॥ ਰਜ ਤਮ ਸਤ ਕਲ ਤੇਰੀ ਛਾਇਆ ॥ ਜਨਮ ਮਰਣ ਹਉਮੈ ਦੁਖੁ ਪਾਇਆ ॥ ਜਿਸ ਨੋ ਕ੍ਰਿਪਾ ਕਰੇ ਹਰਿ ਗੁਰਮੁਖਿ ਗੁਣਿ ਚਉਥੈ ਮੁਕਤਿ ਕਰਾਇਦਾ ॥੧੧॥ ਸੁੰਨਹੁ ਉਪਜੇ ਦਸ ਅਵਤਾਰਾ ॥ ਸ੍ਰਿਸਟਿ ਉਪਾਇ ਕੀਆ ਪਾਸਾਰਾ ॥ ਦੇਵ ਦਾਨਵ ਗਣ ਗੰਧਰਬ ਸਾਜੇ ਸਭਿ ਲਿਖਿਆ ਕਰਮ ਕਮਾਇਦਾ ॥੧੨॥ ਗੁਰਮੁਖਿ ਸਮਝੈ ਰੋਗੁ ਨ ਹੋਈ ॥ ਇਹ ਗੁਰ ਕੀ ਪਉੜੀ ਜਾਣੈ ਜਨੁ ਕੋਈ ॥ ਜੁਗਹ ਜੁਗੰਤਰਿ ਮੁਕਤਿ ਪਰਾਇਣ ਸੋ ਮੁਕਤਿ ਭਇਆ ਪਤਿ ਪਾਇਦਾ ॥੧੩॥ ਪੰਚ ਤਤੁ ਸੁੰਨਹੁ ਪਰਗਾਸਾ ॥ ਦੇਹ ਸੰਜੋਗੀ ਕਰਮ ਅਭਿਆਸਾ ॥ ਬੁਰਾ ਭਲਾ ਦੁਇ ਮਸਤਕਿ ਲੀਖੇ ਪਾਪੁ ਪੁੰਨੁ ਬੀਜਾਇਦਾ ॥੧੪॥ ਊਤਮ ਸਤਿਗੁਰ ਪੁਰਖ ਨਿਰਾਲੇ ॥ ਸਬਦਿ ਰਤੇ ਹਰਿ ਰਸਿ ਮਤਵਾਲੇ ॥ ਰਿਧਿ ਬੁਧਿ ਸਿਧਿ ਗਿਆਨੁ ਗੁਰੂ ਤੇ ਪਾਈਐ ਪੂਰੈ ਭਾਗਿ ਮਿਲਾਇਦਾ ॥੧੫॥ ਇਸੁ ਮਨ ਮਾਇਆ ਕਉ ਨੇਹੁ ਘਨੇਰਾ ॥ ਕੋਈ ਬੂਝਹੁ ਗਿਆਨੀ ਕਰਹੁ ਨਿਬੇਰਾ ॥ ਆਸਾ ਮਨਸਾ ਹਉਮੈ ਸਹਸਾ ਨਰੁ ਲੋਭੀ ਕੂੜੁ ਕਮਾਇਦਾ ॥੧੬॥ ਸਤਿਗੁਰ ਤੇ ਪਾਏ ਵੀਚਾਰਾ ॥ ਸੁੰਨ ਸਮਾਧਿ ਸਚੇ ਘਰ ਬਾਰਾ ॥ ਨਾਨਕ ਨਿਰਮਲ ਨਾਦੁ ਸਬਦ ਧੁਨਿ ਸਚੁ ਰਾਮੈ ਨਾਮਿ ਸਮਾਇਦਾ ॥੧੭॥੫॥੧੭॥ ਮਾਰੂ ਮਹਲਾ ੧ ॥ ਜਹ ਦੇਖਾ ਤਹ ਦੀਨ ਦਇਆਲਾ ॥ ਆਇ ਨ ਜਾਈ ਪ੍ਰਭੁ ਕਿਰਪਾਲਾ ॥ ਜੀਆ ਅੰਦਰਿ ਜੁਗਤਿ ਸਮਾਈ ਰਹਿਓ ਨਿਰਾਲਮੁ ਰਾਇਆ ॥੧॥ ਜਗੁ ਤਿਸ ਕੀ ਛਾਇਆ

ਜਿਸੁ ਬਾਪੁ ਨ ਮਾਇਆ ॥ ਨਾ ਤਿਸੁ ਭੈਣ ਨ ਭਰਾਉ ਕਮਾਇਆ ॥ ਨਾ ਤਿਸੁ ਓਪਤਿ ਖਪਤਿ ਕੁਲ ਜਾਤੀ ਓਹੁ ਅਜਰਾਵਰੁ ਮਨਿ ਭਾਇਆ ॥੨॥ ਤੂ ਅਕਾਲ ਪੁਰਖੁ ਨਾਹੀ ਸਿਰਿ ਕਾਲਾ ॥ ਤੂ ਪੁਰਖੁ ਅਲੇਖ ਅਗੰਮ ਨਿਰਾਲਾ ॥ ਸਤ ਸੰਤੋਖਿ ਸਬਦਿ ਅਤਿ ਸੀਤਲੁ ਸਹਜ ਭਾਇ ਲਿਵ ਲਾਇਆ ॥੩॥ ਤ੍ਰੈ ਵਰਤਾਇ ਚਉਥੈ ਘਰਿ ਵਾਸਾ ॥ ਕਾਲ ਬਿਕਾਲ ਕੀਏ ਇਕ ਗ੍ਰਾਸਾ ॥ ਨਿਰਮਲ ਜੋਤਿ ਸਰਬ ਜਗਜੀਵਨੁ ਗੁਰਿ ਅਨਹਦ ਸਬਦਿ ਦਿਖਾਇਆ ॥੪॥ ਊਤਮ ਜਨ ਸੰਤ ਭਲੇ ਹਰਿ ਪਿਆਰੇ ॥ ਹਰਿ ਰਸ ਮਾਤੇ ਪਾਰਿ ਉਤਾਰੇ ॥ ਨਾਨਕ ਰੇਣ ਸੰਤ ਜਨ ਸੰਗਤਿ ਹਰਿ ਗੁਰ ਪਰਸਾਦੀ ਪਾਇਆ ॥੫॥ ਤੂ ਅੰਤਰਜਾਮੀ ਜੀਅ ਸਭਿ ਤੇਰੇ ॥ ਤੂ ਦਾਤਾ ਹਮ ਸੇਵਕ ਤੇਰੇ ॥ ਅੰਮ੍ਰਿਤ ਨਾਮੁ ਕ੍ਰਿਪਾ ਕਰਿ ਦੀਜੈ ਗੁਰਿ ਗਿਆਨ ਰਤਨੁ ਦੀਪਾਇਆ ॥੬॥ ਪੰਚ ਤਤੁ ਮਿਲਿ ਇਹੁ ਤਨੁ ਕੀਆ ॥ ਆਤਮ ਰਾਮ ਪਾਏ ਸੁਖੁ ਥੀਆ ॥ ਕਰਮ ਕਰਤੂਤਿ ਅੰਮ੍ਰਿਤ ਫਲੁ ਲਾਗਾ ਹਰਿ ਨਾਮ ਰਤਨੁ ਮਨਿ ਪਾਇਆ ॥੭॥ ਨਾ ਤਿਸੁ ਭੂਖ ਪਿਆਸ ਮਨੁ ਮਾਨਿਆ ॥ ਸਰਬ ਨਿਰੰਜਨੁ ਘਟਿ ਘਟਿ ਜਾਨਿਆ ॥ ਅੰਮ੍ਰਿਤ ਰਸਿ ਰਾਤਾ ਕੇਵਲ ਬੈਰਾਗੀ ਗੁਰਮਤਿ ਭਾਇ ਸੁਭਾਇਆ ॥੮॥ ਅਧਿਆਤਮ ਕਰਮ ਕਰੇ ਦਿਨੁ ਰਾਤੀ ॥ ਨਿਰਮਲ ਜੋਤਿ ਨਿਰੰਤਰਿ ਜਾਤੀ ॥ ਸਬਦੁ ਰਸਾਲੁ ਰਸਨ ਰਸਿ ਰਸਨਾ ਬੇਣੁ ਰਸਾਲੁ ਵਜਾਇਆ ॥੯॥ ਬੇਣੁ ਰਸਾਲੁ ਵਜਾਵੈ ਸੋਈ ॥ ਜਾ ਕੀ ਤ੍ਰਿਭਵਣ ਸੋਝੀ ਹੋਈ ॥ ਨਾਨਕ ਬੂਝਹੁ ਇਹ ਬਿਧਿ ਗੁਰਮਤਿ ਹਰਿ ਰਾਮ ਨਾਮਿ ਲਿਵ ਲਾਇਆ ॥੧੦॥ ਐਸੇ ਜਨ ਵਿਰਲੇ ਸੰਸਾਰੇ ॥ ਗੁਰ ਸਬਦੁ ਵੀਚਾਰਹਿ ਰਹਹਿ ਨਿਰਾਰੇ ॥ ਆਪਿ ਤਰਹਿ ਸੰਗਤਿ ਕੁਲ ਤਾਰਹਿ ਤਿਨ ਸਫਲ ਜਨਮੁ ਜਗਿ ਆਇਆ ॥੧੧॥ ਘਰੁ ਦਰੁ ਮੰਦਰੁ ਜਾਣੈ ਸੋਈ ॥ ਜਿਸੁ ਪੂਰੇ ਗੁਰ ਤੇ ਸੋਝੀ ਹੋਈ ॥ ਕਾਇਆ ਗੜ ਮਹਲ ਮਹਲੀ ਪ੍ਰਭੁ ਸਾਚਾ ਸਚੁ ਸਾਚਾ ਤਖਤੁ ਰਚਾਇਆ ॥੧੨॥ ਚਤੁਰ ਦਸ ਹਾਟ ਦੀਵੇ ਦੁਇ ਸਾਖੀ ॥ ਸੇਵਕ ਪੰਚ ਨਾਹੀ ਬਿਖੁ ਚਾਖੀ ॥ ਅੰਤਰਿ ਵਸਤੁ ਅਨੂਪ ਨਿਰਮੋਲਕ ਗੁਰਿ ਮਿਲਿਐ ਹਰਿ ਧਨੁ ਪਾਇਆ ॥੧੩॥ ਤਖਤਿ ਬਹੈ ਤਖਤੈ ਕੀ ਲਾਇਕ ॥ ਪੰਚ ਸਮਾਏ ਗੁਰਮਤਿ ਪਾਇਕ ॥ ਆਦਿ ਜੁਗਾਦੀ ਹੈ ਭੀ ਹੋਸੀ ਸਹਸਾ ਭਰਮੁ ਚੁਕਾਇਆ ॥੧੪॥ ਤਖਤਿ ਸਲਾਮੁ ਹੋਵੈ ਦਿਨੁ ਰਾਤੀ ॥ ਇਹੁ ਸਾਚੁ ਵਡਾਈ ਗੁਰਮਤਿ ਲਿਵ ਜਾਤੀ ॥ ਨਾਨਕ ਰਾਮੁ ਜਪਹੁ ਤਰੁ ਤਾਰੀ ਹਰਿ ਅੰਤਿ ਸਖਾਈ ਪਾਇਆ ॥੧੫॥੧॥੧੮॥

ਮਾਰੂ ਮਹਲਾ ੧ ॥ ਹਰਿ ਧਨੁ ਸੰਚਹੁ ਰੇ ਜਨ ਭਾਈ ॥ ਸਤਿਗੁਰ ਸੇਵਿ ਰਹਹੁ ਸਰਣਾਈ ॥ ਤਸਕਰੁ ਚੋਰੁ ਨ ਲਾਗੈ ਤਾ ਕਉ ਧੁਨਿ ਉਪਜੈ ਸਬਦਿ ਜਗਾਇਆ ॥੧॥ ਤੂ ਏਕੰਕਾਰੁ ਨਿਰਾਲਮੁ ਰਾਜਾ ॥ ਤੂ ਆਪਿ ਸਵਾਰਹਿ ਜਨ ਕੇ ਕਾਜਾ ॥ ਅਮਰੁ ਅਡੋਲੁ ਅਪਾਰੁ ਅਮੋਲਕੁ ਹਰਿ ਅਸਥਿਰ ਥਾਨਿ ਸੁਹਾਇਆ ॥੨॥ ਦੇਹੀ ਨਗਰੀ ਊਤਮ ਥਾਨਾ ॥ ਪੰਚ ਲੋਕ ਵਸਹਿ ਪਰਧਾਨਾ ॥ ਊਪਰਿ ਏਕੰਕਾਰੁ ਨਿਰਾਲਮੁ ਸੁੰਨ ਸਮਾਧਿ ਲਗਾਇਆ ॥੩॥ ਦੇਹੀ ਨਗਰੀ ਨਉ ਦਰਵਾਜੇ ॥ ਸਿਰਿ ਸਿਰਿ ਕਰਣੈਹਾਰੈ ਸਾਜੇ ॥ ਦਸਵੈ ਪੁਰਖੁ ਅਤੀਤੁ ਨਿਰਾਲਾ ਆਪੇ ਅਲਖੁ ਲਖਾਇਆ ॥੪॥ ਪੁਰਖੁ ਅਲੇਖੁ ਸਚੇ ਦੀਵਾਨਾ ॥ ਹੁਕਮਿ ਚਲਾਏ ਸਚੁ ਨੀਸਾਨਾ ॥ ਨਾਨਕ ਖੋਜਿ ਲਹਹੁ ਘਰੁ ਅਪਨਾ ਹਰਿ ਆਤਮ ਰਾਮ ਨਾਮੁ ਪਾਇਆ ॥੫॥ ਸਰਬ ਨਿਰੰਜਨ ਪੁਰਖੁ ਸੁਜਾਨਾ ॥ ਅਦਲੁ ਕਰੇ ਗੁਰ ਗਿਆਨ ਸਮਾਨਾ ॥ ਕਾਮੁ ਕ੍ਰੋਧੁ ਲੈ ਗਰਦਨਿ ਮਾਰੇ ਹਉਮੈ ਲੋਭੁ ਚੁਕਾਇਆ ॥੬॥ ਸਚੈ ਥਾਨਿ ਵਸੈ ਨਿਰੰਕਾਰਾ ॥ ਆਪਿ ਪਛਾਣੈ ਸਬਦੁ ਵੀਚਾਰਾ ॥ ਸਚੈ ਮਹਲਿ ਨਿਵਾਸੁ ਨਿਰੰਤਰਿ ਆਵਣ ਜਾਣੁ ਚੁਕਾਇਆ ॥੭॥ ਨਾ ਮਨੁ ਚਲੈ ਨ ਪਉਣੁ ਉਡਾਵੈ ॥ ਜੋਗੀ ਸਬਦੁ ਅਨਾਹਦੁ ਵਾਵੈ ॥ ਪੰਚ ਸਬਦ ਝੁਣਕਾਰੁ ਨਿਰਾਲਮੁ ਪ੍ਰਭਿ ਆਪੇ ਵਾਇ ਸੁਣਾਇਆ ॥੮॥ ਭਉ ਬੈਰਾਗਾ ਸਹਜਿ ਸਮਾਤਾ ॥ ਹਉਮੈ ਤਿਆਗੀ ਅਨਹਦਿ ਰਾਤਾ ॥ ਅੰਜਨੁ ਸਾਰਿ ਨਿਰੰਜਨੁ ਜਾਣੈ ਸਰਬ ਨਿਰੰਜਨੁ ਰਾਇਆ ॥੯॥ ਦੁਖ ਭੈ ਭੰਜਨ ਪ੍ਰਭੁ ਅਬਿਨਾਸੀ ॥ ਰੋਗ ਕਟੇ ਕਾਟੀ ਜਮ ਫਾਸੀ ॥ ਨਾਨਕ ਹਰਿ ਪ੍ਰਭੁ ਸੋ ਭਉ ਭੰਜਨੁ ਗੁਰ ਮਿਲਿਐ ਹਰਿ ਪ੍ਰਭੁ ਪਾਇਆ ॥੧੦॥ ਕਾਲੈ ਕਵਲੁ ਨਿਰੰਜਨੁ ਜਾਣੈ ॥ ਬੂਝੈ ਕਰਮੁ ਸੁ ਸਬਦੁ ਪਛਾਣੈ ॥ ਆਪੇ ਜਾਣੈ ਆਪਿ ਪਛਾਣੈ ਸਭੁ ਤਿਸ ਕਾ ਚੋਜੁ ਸਬਾਇਆ ॥੧੧॥ ਆਪੇ ਸਾਹੁ ਆਪੇ ਵਣਜਾਰਾ ॥ ਆਪੇ ਪਰਖੇ ਪਰਖਣਹਾਰਾ ॥ ਆਪੇ ਕਸਿ ਕਸਵਟੀ ਲਾਏ ਆਪੇ ਕੀਮਤਿ ਪਾਇਆ ॥੧੨॥ ਆਪਿ ਦਇਆਲਿ ਦਇਆ ਪ੍ਰਭਿ ਧਾਰੀ ॥ ਘਟਿ ਘਟਿ ਰਵਿ ਰਹਿਆ ਬਨਵਾਰੀ ॥ ਪੁਰਖੁ ਅਤੀਤੁ ਵਸੈ ਨਿਹਕੇਵਲੁ ਗੁਰ ਪੁਰਖੈ ਪੁਰਖੁ ਮਿਲਾਇਆ ॥੧੩॥ ਪ੍ਰਭੁ ਦਾਨਾ ਬੀਨਾ ਗਰਬੁ ਗਵਾਏ ॥ ਦੂਜਾ ਮੇਟੈ ਏਕੁ ਦਿਖਾਏ ॥ ਆਸਾ ਮਾਹਿ ਨਿਰਾਲਮੁ ਜੋਨੀ ਅਕੁਲ ਨਿਰੰਜਨੁ ਗਾਇਆ ॥੧੪॥ ਹਉਮੈ ਮੇਟਿ ਸਬਦਿ ਸੁਖੁ ਹੋਈ ॥ ਆਪੁ ਵੀਚਾਰੇ ਗਿਆਨੀ ਸੋਈ ॥ ਨਾਨਕ ਹਰਿ ਜਸੁ ਹਰਿ ਗੁਣ ਲਾਹਾ ਸਤਸੰਗਤਿ ਸਚੁ ਫਲੁ ਪਾਇਆ ॥੧੫॥੨॥੧੯॥

ਮਾਰੂ ਮਹਲਾ ੧ ॥ ਸਚੁ ਕਹਹੁ ਸਚੈ ਘਰਿ ਰਹਣਾ ॥ ਜੀਵਤ ਮਰਹੁ ਭਵਜਲੁ ਜਗੁ ਤਰਣਾ ॥ ਗੁਰੁ ਬੋਹਿਥੁ ਗੁਰੁ ਬੇੜੀ ਤੁਲਹਾ ਮਨ ਹਰਿ ਜਪਿ ਪਾਰਿ ਲੰਘਾਇਆ ॥੧॥ ਹਉਮੈ ਮਮਤਾ ਲੋਭ ਬਿਨਾਸਨੁ ॥ ਨਉ ਦਰ ਮੁਕਤੇ ਦਸਵੈ ਆਸਨੁ ॥ ਊਪਰਿ ਪਰੈ ਪਰੈ ਅਪਰੰਪਰੁ ਜਿਨਿ ਆਪੇ ਆਪੁ ਉਪਾਇਆ ॥੨॥ ਗੁਰਮਤਿ ਲੇਵਹੁ ਹਰਿ ਲਿਵ ਤਰੀਐ ॥ ਅਕਲੁ ਗਾਇ ਜਮ ਤੇ ਕਿਆ ਡਰੀਐ ॥ ਜਤ ਜਤ ਦੇਖਉ ਤਤ ਤਤ ਤੁਮ ਹੀ ਅਵਰੁ ਨ ਦੁਤੀਆ ਗਾਇਆ ॥੩॥ ਸਚੁ ਹਰਿ ਨਾਮੁ ਸਚੁ ਹੈ ਸਰਣਾ ॥ ਸਚੁ ਗੁਰ ਸਬਦੁ ਜਿਤੈ ਲਗਿ ਤਰਣਾ ॥ ਅਕਥੁ ਕਥੈ ਦੇਖੈ ਅਪਰੰਪਰੁ ਫੁਨਿ ਗਰਭਿ ਨ ਜੋਨੀ ਜਾਇਆ ॥੪॥ ਸਚ ਬਿਨੁ ਸਤੁ ਸੰਤੋਖੁ ਨ ਪਾਵੈ ॥ ਬਿਨੁ ਗੁਰ ਮੁਕਤਿ ਨ ਆਵੈ ਜਾਵੈ ॥ ਮੂਲ ਮੰਤ੍ਰੁ ਹਰਿ ਨਾਮੁ ਰਸਾਇਣੁ ਕਹੁ ਨਾਨਕ ਪੂਰਾ ਪਾਇਆ ॥੫॥ ਸਚ ਬਿਨੁ ਭਵਜਲੁ ਜਾਇ ਨ ਤਰਿਆ ॥ ਏਹੁ ਸਮੁੰਦੁ ਅਥਾਹੁ ਮਹਾ ਬਿਖੁ ਭਰਿਆ ॥ ਰਹੈ ਅਤੀਤੁ ਗੁਰਮਤਿ ਲੇ ਊਪਰਿ ਹਰਿ ਨਿਰਭਉ ਕੈ ਘਰਿ ਪਾਇਆ ॥੬॥ ਝੂਠੀ ਜਗ ਹਿਤ ਕੀ ਚਤੁਰਾਈ ॥ ਬਿਲਮ ਨ ਲਾਗੈ ਆਵੈ ਜਾਈ ॥ ਨਾਮੁ ਵਿਸਾਰਿ ਚਲਹਿ ਅਭਿਮਾਨੀ ਉਪਜੈ ਬਿਨਸਿ ਖਪਾਇਆ ॥੭॥ ਉਪਜਹਿ ਬਿਨਸਹਿ ਬੰਧਨ ਬੰਧੇ ॥ ਹਉਮੈ ਮਾਇਆ ਕੇ ਗਲ ਫੰਧੇ ॥ ਜਿਸੁ ਰਾਮ ਨਾਮੁ ਨਾਹੀ ਮਤਿ ਗੁਰਮਤਿ ਸੋ ਜਮ ਪੁਰਿ ਬੰਧਿ ਚਲਾਇਆ ॥੮॥ ਗੁਰ ਬਿਨੁ ਮੋਖ ਮੁਕਤਿ ਕਿਉ ਪਾਈਐ ॥ ਬਿਨੁ ਗੁਰ ਰਾਮ ਨਾਮੁ ਕਿਉ ਧਿਆਈਐ ॥ ਗੁਰਮਤਿ ਲੇਹੁ ਤਰਹੁ ਭਵ ਦੁਤਰੁ ਮੁਕਤਿ ਭਏ ਸੁਖੁ ਪਾਇਆ ॥੯॥ ਗੁਰਮਤਿ ਕ੍ਰਿਸਨਿ ਗੋਵਰਧਨ ਧਾਰੇ ॥ ਗੁਰਮਤਿ ਸਾਇਰਿ ਪਾਹਣ ਤਾਰੇ ॥ ਗੁਰਮਤਿ ਲੇਹੁ ਪਰਮ ਪਦੁ ਪਾਈਐ ਨਾਨਕ ਗੁਰਿ ਭਰਮੁ ਚੁਕਾਇਆ ॥੧੦॥ ਗੁਰਮਤਿ ਲੇਹੁ ਤਰਹੁ ਸਚੁ ਤਾਰੀ ॥ ਆਤਮ ਚੀਨਹੁ ਰਿਦੈ ਮੁਰਾਰੀ ॥ ਜਮ ਕੇ ਫਾਹੇ ਕਾਟਹਿ ਹਰਿ ਜਪਿ ਅਕੁਲ ਨਿਰੰਜਨੁ ਪਾਇਆ ॥੧੧॥ ਗੁਰਮਤਿ ਪੰਚ ਸਖੇ ਗੁਰ ਭਾਈ ॥ ਗੁਰਮਤਿ ਅਗਨਿ ਨਿਵਾਰਿ ਸਮਾਈ ॥ ਮਨਿ ਮੁਖਿ ਨਾਮੁ ਜਪਹੁ ਜਗਜੀਵਨ ਰਿਦ ਅੰਤਰਿ ਅਲਖੁ ਲਖਾਇਆ ॥੧੨॥ ਗੁਰਮੁਖਿ ਬੂਝੈ ਸਬਦਿ ਪਤੀਜੈ ॥ ਉਸਤਤਿ ਨਿੰਦਾ ਕਿਸ ਕੀ ਕੀਜੈ ॥ ਚੀਨਹੁ ਆਪੁ ਜਪਹੁ ਜਗਦੀਸਰੁ ਹਰਿ ਜਗੰਨਾਥੁ ਮਨਿ ਭਾਇਆ ॥੧੩॥ ਜੋ ਬ੍ਰਹਮੰਡਿ ਖੰਡਿ ਸੋ ਜਾਣਹੁ ॥ ਗੁਰਮੁਖਿ ਬੂਝਹੁ ਸਬਦਿ ਪਛਾਣਹੁ ॥ ਘਟਿ ਘਟਿ ਭੋਗੇ ਭੋਗਣਹਾਰਾ ਰਹੈ ਅਤੀਤੁ ਸਬਾਇਆ ॥੧੪॥ ਗੁਰਮਤਿ ਬੋਲਹੁ ਹਰਿ ਜਸੁ

ਸੂਚਾ ਗੁਰਮਤਿ ਆਖੀ ਦੇਖਹੁ ਊਚਾ ॥ ਸ੍ਰਵਣੀ ਨਾਮੁ ਸੁਣੈ ਹਰਿ ਬਾਣੀ ਨਾਨਕ ਹਰਿ ਰੰਗਿ ਰੰਗਾਇਆ ॥੧੫॥੩॥੨੦॥ ਮਾਰੂ ਮਹਲਾ ੧ ॥ ਕਾਮੁ ਕ੍ਰੋਧੁ ਪਰਹਰੁ ਪਰ ਨਿੰਦਾ ॥ ਲਬੁ ਲੋਭੁ ਤਜਿ ਹੋਹੁ ਨਿਚਿੰਦਾ ॥ ਭ੍ਰਮ ਕਾ ਸੰਗਲੁ ਤੋੜਿ ਨਿਰਾਲਾ ਹਰਿ ਅੰਤਰਿ ਹਰਿ ਰਸੁ ਪਾਇਆ ॥੧॥ ਨਿਸਿ ਦਾਮਨਿ ਜਿਉ ਚਮਕਿ ਚੰਦਾਇਣੁ ਦੇਖੈ ॥ ਅਹਿਨਿਸਿ ਜੋਤਿ ਨਿਰੰਤਰਿ ਪੇਖੈ ॥ ਆਨੰਦ ਰੂਪੁ ਅਨੂਪੁ ਸਰੂਪਾ ਗੁਰਿ ਪੂਰੈ ਦੇਖਾਇਆ ॥੨॥ ਸਤਿਗੁਰ ਮਿਲਹੁ ਆਪੇ ਪ੍ਰਭੁ ਤਾਰੇ ॥ ਸਸਿ ਘਰਿ ਸੂਰੁ ਦੀਪਕੁ ਗੈਣਾਰੇ ॥ ਦੇਖਿ ਅਦਿਸਟੁ ਰਹਹੁ ਲਿਵ ਲਾਗੀ ਸਭੁ ਤ੍ਰਿਭਵਣਿ ਬ੍ਰਹਮੁ ਸਬਾਇਆ ॥੩॥ ਅੰਮ੍ਰਿਤ ਰਸੁ ਪਾਏ ਤ੍ਰਿਸਨਾ ਭਉ ਜਾਏ ॥ ਅਨਭਉ ਪਦੁ ਪਾਵੈ ਆਪੁ ਗਵਾਏ ॥ ਊਚੀ ਪਦਵੀ ਊਚੋ ਊਚਾ ਨਿਰਮਲ ਸਬਦੁ ਕਮਾਇਆ ॥੪॥ ਅਦ੍ਰਿਸਟ ਅਗੋਚਰੁ ਨਾਮੁ ਅਪਾਰਾ ॥ ਅਤਿ ਰਸੁ ਮੀਠਾ ਨਾਮੁ ਪਿਆਰਾ ॥ ਨਾਨਕ ਕਉ ਜੁਗਿ ਜੁਗਿ ਹਰਿ ਜਸੁ ਦੀਜੈ ਹਰਿ ਜਪੀਐ ਅੰਤੁ ਨ ਪਾਇਆ ॥੫॥ ਅੰਤਰਿ ਨਾਮੁ ਪਰਾਪਤਿ ਹੀਰਾ ॥ ਹਰਿ ਜਪਤੇ ਮਨੁ ਮਨ ਤੇ ਧੀਰਾ ॥ ਦੁਘਟ ਘਟ ਭਉ ਭੰਜਨੁ ਪਾਈਐ ਬਾਹੁੜਿ ਜਨਮਿ ਨ ਜਾਇਆ ॥੬॥ ਭਗਤਿ ਹੇਤਿ ਗੁਰ ਸਬਦਿ ਤਰੰਗਾ ॥ ਹਰਿ ਜਸੁ ਨਾਮੁ ਪਦਾਰਥੁ ਮੰਗਾ ॥ ਹਰਿ ਭਾਵੈ ਗੁਰ ਮੇਲਿ ਮਿਲਾਏ ਹਰਿ ਤਾਰੇ ਜਗਤੁ ਸਬਾਇਆ ॥੭॥ ਜਿਨਿ ਜਪੁ ਜਪਿਓ ਸਤਿਗੁਰ ਮਤਿ ਵਾ ਕੇ ॥ ਜਮਕੰਕਰੁ ਕਾਲੁ ਸੇਵਕ ਪਗ ਤਾ ਕੇ ॥ ਊਤਮ ਸੰਗਤਿ ਗਤਿ ਮਿਤਿ ਊਤਮ ਜਗੁ ਭਉਜਲੁ ਪਾਰਿ ਤਰਾਇਆ ॥੮॥ ਇਹੁ ਭਵਜਲੁ ਜਗਤੁ ਸਬਦਿ ਗੁਰ ਤਰੀਐ ॥ ਅੰਤਰ ਕੀ ਦੁਬਿਧਾ ਅੰਤਰਿ ਜਰੀਐ ॥ ਪੰਚ ਬਾਣ ਲੇ ਜਮ ਕਉ ਮਾਰੈ ਗਗਨੰਤਰਿ ਧਣਖੁ ਚੜਾਇਆ ॥੯॥ ਸਾਕਤ ਨਰਿ ਸਬਦ ਸੁਰਤਿ ਕਿਉ ਪਾਈਐ ॥ ਸਬਦੁ ਸੁਰਤਿ ਬਿਨੁ ਆਈਐ ਜਾਈਐ ॥ ਨਾਨਕ ਗੁਰਮੁਖਿ ਮੁਕਤਿ ਪਰਾਇਣੁ ਹਰਿ ਪੂਰੈ ਭਾਗਿ ਮਿਲਾਇਆ ॥੧੦॥ ਨਿਰਭਉ ਸਤਿਗੁਰੁ ਹੈ ਰਖਵਾਲਾ ॥ ਭਗਤਿ ਪਰਾਪਤਿ ਗੁਰ ਗੋਪਾਲਾ ॥ ਧੁਨਿ ਅਨੰਦ ਅਨਾਹਦੁ ਵਾਜੈ ਗੁਰ ਸਬਦਿ ਨਿਰੰਜਨੁ ਪਾਇਆ ॥੧੧॥ ਨਿਰਭਉ ਸੋ ਸਿਰਿ ਨਾਹੀ ਲੇਖਾ ॥ ਆਪਿ ਅਲੇਖੁ ਕੁਦਰਤਿ ਹੈ ਦੇਖਾ ॥ ਆਪਿ ਅਤੀਤੁ ਅਜੋਨੀ ਸੰਭਉ ਨਾਨਕ ਗੁਰਮਤਿ ਸੋ ਪਾਇਆ ॥੧੨॥ ਅੰਤਰ ਕੀ ਗਤਿ ਸਤਿਗੁਰੁ ਜਾਣੈ ॥ ਸੋ ਨਿਰਭਉ ਗੁਰ ਸਬਦਿ ਪਛਾਣੈ ॥ ਅੰਤਰੁ ਦੇਖਿ ਨਿਰੰਤਰਿ ਬੂਝੈ ਅਨਤ ਨ ਮਨੁ ਡੋਲਾਇਆ ॥੧੩॥ ਨਿਰਭਉ ਸੋ ਅਭ ਅੰਤਰਿ ਵਸਿਆ ॥

ਅਹਿਨਿਸਿ ਨਾਮਿ ਨਿਰੰਜਨ ਰਸਿਆ ॥ ਨਾਨਕ ਹਰਿ ਜਸੁ ਸੰਗਤਿ ਪਾਈਐ ਹਰਿ ਸਹਜੇ ਸਹਜਿ ਮਿਲਾਇਆ ॥੧੪॥ ਅੰਤਰਿ ਬਾਹਰਿ ਸੋ ਪ੍ਰਭੁ ਜਾਣੈ ॥ ਰਹੈ ਅਲਿਪਤੁ ਚਲਤੇ ਘਰਿ ਆਣੈ ॥ ਊਪਰਿ ਆਦਿ ਸਰਬ ਤਿਹੁ ਲੋਈ ਸਚੁ ਨਾਨਕ ਅੰਮ੍ਰਿਤ ਰਸੁ ਪਾਇਆ ॥੧੫॥੪॥੨੧॥ ਮਾਰੂ ਮਹਲਾ ੧ ॥ ਕੁਦਰਤਿ ਕਰਨੈਹਾਰ ਅਪਾਰਾ ॥ ਕੀਤੇ ਕਾ ਨਾਹੀ ਕਿਹੁ ਚਾਰਾ ॥ ਜੀਅ ਉਪਾਇ ਰਿਜਕੁ ਦੇ ਆਪੇ ਸਿਰਿ ਸਿਰਿ ਹੁਕਮੁ ਚਲਾਇਆ ॥੧॥ ਹੁਕਮੁ ਚਲਾਇ ਰਹਿਆ ਭਰਪੂਰੇ ॥ ਕਿਸੁ ਨੇੜੈ ਕਿਸੁ ਆਖਾਂ ਦੂਰੇ ॥ ਗੁਪਤ ਪ੍ਰਗਟ ਹਰਿ ਘਟਿ ਘਟਿ ਦੇਖਹੁ ਵਰਤੈ ਤਾਕੁ ਸਬਾਇਆ ॥੨॥ ਜਿਸ ਕਉ ਮੇਲੇ ਸੁਰਤਿ ਸਮਾਏ ॥ ਗੁਰ ਸਬਦੀ ਹਰਿ ਨਾਮੁ ਧਿਆਏ ॥ ਆਨਦ ਰੂਪ ਅਨੂਪ ਅਗੋਚਰ ਗੁਰ ਮਿਲਿਐ ਭਰਮੁ ਜਾਇਆ ॥੩॥ ਮਨ ਤਨ ਧਨ ਤੇ ਨਾਮੁ ਪਿਆਰਾ ॥ ਅੰਤਿ ਸਖਾਈ ਚਲਣਵਾਰਾ ॥ ਮੋਹ ਪਸਾਰ ਨਹੀ ਸੰਗਿ ਬੇਲੀ ਬਿਨੁ ਹਰਿ ਗੁਰ ਕਿਨਿ ਸੁਖੁ ਪਾਇਆ ॥੪॥ ਜਿਸ ਕਉ ਨਦਰਿ ਕਰੇ ਗੁਰੁ ਪੂਰਾ ॥ ਸਬਦਿ ਮਿਲਾਏ ਗੁਰਮਤਿ ਸੂਰਾ ॥ ਨਾਨਕ ਗੁਰ ਕੇ ਚਰਨ ਸਰੇਵਹੁ ਜਿਨਿ ਭੂਲਾ ਮਾਰਗਿ ਪਾਇਆ ॥੫॥ ਸੰਤ ਜਨਾਂ ਹਰਿ ਧਨੁ ਜਸੁ ਪਿਆਰਾ ॥ ਗੁਰਮਤਿ ਪਾਇਆ ਨਾਮੁ ਤੁਮਾਰਾ ॥ ਜਾਚਿਕੁ ਸੇਵ ਕਰੇ ਦਰਿ ਹਰਿ ਕੈ ਹਰਿ ਦਰਗਹ ਜਸੁ ਗਾਇਆ ॥੬॥ ਸਤਿਗੁਰੁ ਮਿਲੈ ਤ ਮਹਲਿ ਬੁਲਾਏ ॥ ਸਾਚੀ ਦਰਗਹ ਗਤਿ ਪਤਿ ਪਾਏ ॥ ਸਾਕਤ ਠਉਰ ਨਾਹੀ ਹਰਿ ਮੰਦਰ ਜਨਮ ਮਰੈ ਦੁਖੁ ਪਾਇਆ ॥੭॥ ਸੇਵਹੁ ਸਤਿਗੁਰ ਸਮੁੰਦੁ ਅਥਾਹਾ ॥ ਪਾਵਹੁ ਨਾਮੁ ਰਤਨੁ ਧਨੁ ਲਾਹਾ ॥ ਬਿਖਿਆ ਮਲੁ ਜਾਇ ਅੰਮ੍ਰਿਤ ਸਰਿ ਨਾਵਹੁ ਗੁਰ ਸਰ ਸੰਤੋਖੁ ਪਾਇਆ ॥੮॥ ਸਤਿਗੁਰ ਸੇਵਹੁ ਸੰਕ ਨ ਕੀਜੈ ॥ ਆਸਾ ਮਾਹਿ ਨਿਰਾਸੁ ਰਹੀਜੈ ॥ ਸੰਸਾ ਦੂਖ ਬਿਨਾਸਨੁ ਸੇਵਹੁ ਫਿਰਿ ਬਾਹੁੜਿ ਰੋਗੁ ਨ ਲਾਇਆ ॥੯॥ ਸਾਚੇ ਭਾਵੈ ਤਿਸੁ ਵਡੀਆਏ ॥ ਕਉਨੁ ਸੁ ਦੂਜਾ ਤਿਸੁ ਸਮਝਾਏ ॥ ਹਰਿ ਗੁਰ ਮੂਰਤਿ ਏਕਾ ਵਰਤੈ ਨਾਨਕ ਹਰਿ ਗੁਰ ਭਾਇਆ ॥੧੦॥ ਵਾਚਹਿ ਪੁਸਤਕ ਵੇਦ ਪੁਰਾਨਾਂ ॥ ਇਕਿ ਬਹਿ ਸੁਨਹਿ ਸੁਨਾਵਹਿ ਕਾਨਾਂ ॥ ਅਜਗਰ ਕਪਟੁ ਕਹਹੁ ਕਿਉ ਖੁਲੈ ਬਿਨੁ ਸਤਿਗੁਰ ਤਤੁ ਨ ਪਾਇਆ ॥੧੧॥ ਕਰਹਿ ਬਿਭੂਤਿ ਲਗਾਵਹਿ ਭਸਮੈ ॥ ਅੰਤਰਿ ਕ੍ਰੋਧੁ ਚੰਡਾਲੁ ਸੁ ਹਉਮੈ ॥ ਪਾਖੰਡ ਕੀਨੇ ਜੋਗੁ ਨ ਪਾਈਐ ਬਿਨੁ ਸਤਿਗੁਰ ਅਲਖੁ ਨ ਪਾਇਆ ॥੧੨॥ ਤੀਰਥ ਵਰਤ ਨੇਮ ਕਰਹਿ ਉਦਿਆਨਾ ॥ ਜਤੁ ਸਤੁ ਸੰਜਮੁ ਕਥਹਿ

ਗਿਆਨਾ ॥ ਰਾਮ ਨਾਮ ਬਿਨੁ ਕਿਉ ਸੁਖੁ ਪਾਈਐ ਬਿਨੁ ਸਤਿਗੁਰ ਭਰਮੁ ਨ ਜਾਇਆ ॥੧੩॥ ਨਿਉਲੀ ਕਰਮ ਭੁਇਅੰਗਮ ਭਾਠੀ ॥ ਰੇਚਕ ਕੁੰਭਕ ਪੂਰਕ ਮਨ ਹਾਠੀ ॥ ਪਾਖੰਡ ਧਰਮੁ ਪ੍ਰੀਤਿ ਨਹੀ ਹਰਿ ਸਿਉ ਗੁਰ ਸਬਦ ਮਹਾ ਰਸੁ ਪਾਇਆ ॥੧੪॥ ਕੁਦਰਤਿ ਦੇਖਿ ਰਹੇ ਮਨੁ ਮਾਨਿਆ ॥ ਗੁਰ ਸਬਦੀ ਸਭੁ ਬ੍ਰਹਮੁ ਪਛਾਨਿਆ ॥ ਨਾਨਕ ਆਤਮ ਰਾਮੁ ਸਬਾਇਆ ਗੁਰ ਸਤਿਗੁਰ ਅਲਖੁ ਲਖਾਇਆ ॥੧੫॥੫॥੨੨॥

ਅੰਗ 1043 ਤੋਂ ਮਾਰੂ ਸੋਲਹੇ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1069 ਤੱਕ ਹੈ।

ਅੰਗ 1069 ਤੋਂ ਮਾਰੂ ਸੋਲਹੇ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1071 ਤੱਕ ਹੈ।

ਅੰਗ 1071 ਤੋਂ ਮਾਰੂ ਸੋਲਹੇ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1086 ਤੱਕ ਹੈ।

ਮਾਰੂ ਵਾਰ ਮਹਲਾ ੩

ਅੰਗ 1086 ਤੋਂ ਮਾਰੂ ਵਾਰ ਮਹਲਾ ੩ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1094 ਤੱਕ ਹੈ। ਇਸ ਵਾਰ ਵਿਚ ਪਹਿਲੇ ਪਾਤਸ਼ਾਹ, ਦੂਜੇ ਪਾਤਸ਼ਾਹ, ਤੀਜੇ ਪਾਤਸ਼ਾਹ, ਚੌਥੇ ਪਾਤਸ਼ਾਹ ਅਤੇ ਪੰਜਵੇਂ ਪਾਤਸ਼ਾਹ ਦੇ ਸਲੋਕ ਹਨ।

ਮਾਰੂ ਵਾਰ ਮਹਲਾ ੩ ੧ੴ ਸਤਿਗੁਰ ਪ੍ਰਸਾਦਿ ॥ ਸਲੋਕੁ ਮਃ ੧ ॥

ਵਿਣੁ ਗਾਹਕ ਗੁਣ ਵੇਚੀਐ ਤਉ ਗੁਣੁ ਸਹਘੋ ਜਾਇ ॥ ਗੁਣ ਕਾ ਗਾਹਕੁ ਜੇ ਮਿਲੈ ਤਉ ਗੁਣੁ ਲਾਖ ਵਿਕਾਇ ॥ ਗੁਣ ਤੇ ਗੁਣ ਮਿਲਿ ਪਾਈਐ ਜੇ ਸਤਿਗੁਰ ਮਾਹਿ ਸਮਾਇ ॥ ਮੁੋਲਿ ਅਮੁੋਲੁ ਨ ਪਾਈਐ ਵਣਜਿ ਨ ਲੀਜੈ ਹਾਟਿ ॥ ਨਾਨਕ ਪੂਰਾ ਤੋਲੁ ਹੈ ਕਬਹੁ ਨ ਹੋਵੈ ਘਾਟਿ ॥੧॥

ਮਃ ੪ ॥ --

ਸਲੋਕੁ ਮਃ ੩ ॥ --

ਮਃ ੪ ॥ ---

ਸਲੋਕੁ ਮਃ ੧ ॥ ਭੂਲੀ ਭੂਲੀ ਮੈ ਫਿਰੀ ਪਾਧਰੁ ਕਹੈ ਨ ਕੋਇ ॥ ਪੂਛਹੁ ਜਾਇ ਸਿਆਣਿਆ ਦੁਖੁ ਕਾਟੈ ਮੇਰਾ ਕੋਇ ॥ ਸਤਿਗੁਰੁ ਸਾਚਾ ਮਨਿ ਵਸੈ ਸਾਜਨੁ ਉਤ ਹੀ ਠਾਇ ॥ ਨਾਨਕ ਮਨੁ ਤ੍ਰਿਪਤਾਸੀਐ ਸਿਫਤੀ ਸਾਚੈ ਨਾਇ ॥੧॥

ਮਃ ੩ ॥ ---

ਸਲੋਕੁ ਮਃ ੧ ॥ ਮਹਲ ਕੁਚਜੀ ਮੜਵੜੀ ਕਾਲੀ ਮਨਹੁ ਕਸੁਧ ॥ ਜੇ ਗੁਣ ਹੋਵਨਿ ਤਾ ਪਿਰੁ ਰਵੈ ਨਾਨਕ ਅਵਗੁਣ ਮੁੰਧ ॥੧॥ ਮਃ ੧ ॥ ਸਾਚੁ ਸੀਲ ਸਚੁ ਸੰਜਮੀ ਸਾ ਪੂਰੀ ਪਰਵਾਰਿ ॥ ਨਾਨਕ ਅਹਿਨਿਸਿ ਸਦਾ ਭਲੀ ਪਿਰ ਕੈ ਹੇਤਿ ਪਿਆਰਿ ॥੨॥ ਪਉੜੀ ॥ ਆਪਣਾ ਆਪੁ ਪਛਾਣਿਆ ਨਾਮੁ ਨਿਧਾਨੁ ਪਾਇਆ ॥ ਕਿਰਪਾ ਕਰਿ ਕੈ ਆਪਣੀ ਗੁਰ ਸਬਦਿ ਮਿਲਾਇਆ ॥ ਗੁਰ ਕੀ ਬਾਣੀ ਨਿਰਮਲੀ ਹਰਿ ਰਸੁ ਪੀਆਇਆ ॥ ਹਰਿ ਰਸੁ ਜਿਨੀ ਚਾਖਿਆ ਅਨ ਰਸ ਠਾਕਿ ਰਹਾਇਆ ॥ ਹਰਿ ਰਸੁ ਪੀ ਸਦਾ ਤ੍ਰਿਪਤਿ ਭਏ ਫਿਰਿ ਤ੍ਰਿਸਨਾ ਭੁਖ ਗਵਾਇਆ ॥੫॥

ਸਲੋਕੁ ਮਃ ੩ ॥ --

ਮਃ ੧ ॥ ਸਸੁਰੈ ਪੇਈਐ ਕੰਤ ਕੀ ਕੰਤੁ ਅਗੰਮੁ ਅਥਾਹੁ ॥ ਨਾਨਕ ਧੰਨੁ ਸੋੁਹਾਗਣੀ ਜੋ ਭਾਵਹਿ ਵੇਪਰਵਾਹ ॥੨॥ ਪਉੜੀ ॥ ਤਖਤਿ ਰਾਜਾ ਸੋ ਬਹੈ ਜਿ ਤਖਤੈ ਲਾਇਕ ਹੋਈ ॥ ਜਿਨੀ ਸਚੁ ਪਛਾਣਿਆ ਸਚੁ ਰਾਜੇ ਸੇਈ ॥ ਏਹਿ ਭੂਪਤਿ ਰਾਜੇ ਨ ਆਖੀਅਹਿ ਦੂਜੈ ਭਾਇ ਦੁਖੁ ਹੋਈ ॥ ਕੀਤਾ ਕਿਆ ਸਾਲਾਹੀਐ ਜਿਸੁ ਜਾਦੇ ਬਿਲਮ ਨ ਹੋਈ ॥ ਨਿਹਚਲੁ ਸਚਾ ਏਕੁ ਹੈ ਗੁਰਮੁਖਿ ਬੂਝੈ ਸੁ ਨਿਹਚਲੁ ਹੋਈ ॥੬॥

ਸਲੋਕੁ ਮਃ ੩ ॥ --

ਸਲੋਕੁ ਮਃ ੧ ॥ ਨਾ ਮੈਲਾ ਨਾ ਧੁੰਧਲਾ ਨਾ ਭਗਵਾ ਨਾ ਕਚੁ ॥ ਨਾਨਕ ਲਾਲੋ ਲਾਲੁ ਹੈ ਸਚੈ ਰਤਾ ਸਚੁ ॥੧॥

ਮਃ ੩ ॥ --

ਸਲੋਕੁ ਮਃ ੧ ॥ ਹੁਕਮਿ ਰਜਾਈ ਸਾਖਤੀ ਦਰਗਹ ਸਚੁ ਕਬੂਲੁ ॥ ਸਾਹਿਬੁ ਲੇਖਾ ਮੰਗਸੀ ਦੁਨੀਆ ਦੇਖਿ ਨ ਭੂਲੁ ॥ ਦਿਲ ਦਰਵਾਨੀ ਜੋ ਕਰੇ ਦਰਵੇਸੀ ਦਿਲੁ ਰਾਸਿ ॥ ਇਸਕ ਮੁਹਬਤਿ ਨਾਨਕਾ ਲੇਖਾ ਕਰਤੇ ਪਾਸਿ ॥੧॥ ਮਃ ੧ ॥ ਅਲਗਉ ਜੋਇ ਮਧੂਕੜਉ ਸਾਰੰਗਪਾਣਿ ਸਬਾਇ ॥ ਹੀਰੈ ਹੀਰਾ ਬੇਧਿਆ ਨਾਨਕ ਕੰਠਿ ਸੁਭਾਇ ॥੨॥ ਪਉੜੀ ॥ ਮਨਮੁਖ ਕਾਲੁ ਵਿਆਪਦਾ ਮੋਹਿ ਮਾਇਆ ਲਾਗੇ ॥ ਖਿਨ ਮਹਿ ਮਾਰਿ ਪਛਾੜਸੀ ਭਾਇ ਦੂਜੈ ਠਾਗੇ ॥ ਫਿਰਿ ਵੇਲਾ ਹਥਿ ਨ ਆਵਈ ਜਮ ਕਾ ਡੰਡੁ ਲਾਗੇ ॥ ਤਿਨ ਜਮ ਡੰਡੁ ਨ ਲਗਈ ਜੋ ਹਰਿ ਲਿਵ ਜਾਗੇ ॥ ਸਭ ਤੇਰੀ ਤੁਧੁ ਛਡਾਵਣੀ ਸਭ ਤੁਧੈ ਲਾਗੇ ॥੧੨॥ ਸਲੋਕੁ ਮਃ ੧ ॥ ਸਰਬੇ ਜੋਇ ਅਗਛਮੀ ਦੂਖੁ ਘਨੇਰੋ ਆਥਿ ॥ ਕਾਲਰੁ ਲਾਦਸਿ ਸਰੁ ਲਾਘਣਉ ਲਾਭੁ ਨ ਪੂੰਜੀ ਸਾਥਿ ॥੧॥ ਮਃ ੧ ॥ ਪੂੰਜੀ ਸਾਚਉ ਨਾਮੁ ਤੂ ਅਖੁਟਉ ਦਰਬੁ ਅਪਾਰੁ ॥ ਨਾਨਕ ਵਖਰੁ ਨਿਰਮਲਉ ਧੰਨੁ ਸਾਹੁ ਵਾਪਾਰੁ ॥੨॥ ਮਃ ੧ ॥ ਪੂਰਬ ਪ੍ਰੀਤਿ ਪਿਰਾਨਿ ਲੈ ਮੋਟਉ ਠਾਕੁਰੁ ਮਾਨਿ ॥ ਮਾਥੈ ਊਭੈ ਜਮੁ ਮਾਰਸੀ ਨਾਨਕ ਮੇਲਣ ਨਾਮਿ ॥੩॥ ਪਉੜੀ ॥ ਆਪੇ ਪਿੰਡੁ ਸਵਾਰਿਓਨੁ ਵਿਚਿ ਨਵ ਨਿਧਿ ਨਾਮੁ ॥ ਇਕਿ ਆਪੇ ਭਰਮਿ ਭੁਲਾਇਅਨੁ ਤਿਨ ਨਿਹਫਲ ਕਾਮੁ ॥ ਇਕਨੀ ਗੁਰਮੁਖਿ ਬੁਝਿਆ ਹਰਿ ਆਤਮ ਰਾਮੁ ॥ ਇਕਨੀ ਸੁਣਿ ਕੈ ਮੰਨਿਆ ਹਰਿ ਊਤਮ ਕਾਮੁ ॥ ਅੰਤਰਿ ਹਰਿ ਰੰਗੁ ਉਪਜਿਆ ਗਾਇਆ ਹਰਿ ਗੁਣ ਨਾਮੁ ॥੧੩॥ ਸਲੋਕੁ ਮਃ ੧ ॥ ਭੋਲਤਣਿ ਭੈ ਮਨਿ ਵਸੈ ਹੇਕੈ ਪਾਧਰ ਹੀਡੁ ॥ ਅਤਿ ਡਾਹਪਣਿ ਦੁਖੁ ਘਣੋ ਤੀਨੈ ਥਾਵ ਭਰੀਡੁ ॥੧॥ ਮਃ ੧ ॥ ਮਾਂਦਲੁ ਬੇਦਿ ਸਿ ਬਾਜਣੋ ਘਣੋ ਧੜੀਐ ਜੋਇ ॥ ਨਾਨਕ ਨਾਮੁ ਸਮਾਲਿ ਤੂ ਬੀਜਉ ਅਵਰੁ ਨ ਕੋਇ ॥੨॥ ਮਃ ੧ ॥ ਸਾਗਰੁ ਗੁਣੀ ਅਥਾਹੁ ਕਿਨਿ ਹਾਥਾਲਾ ਦੇਖੀਐ ॥ ਵਡਾ ਵੇਪਰਵਾਹੁ ਸਤਿਗੁਰੁ ਮਿਲੈ ਤ ਪਾਰਿ ਪਵਾ ॥ ਮਝ ਭਰਿ ਦੁਖ ਬਦੁਖ ॥ ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੀ ਭੁਖ ॥੩॥ ਪਉੜੀ ॥ ਜਿਨੀ ਅੰਦਰੁ ਭਾਲਿਆ ਗੁਰ ਸਬਦਿ ਸੁਹਾਵੈ ॥ ਜੋ ਇਛਨਿ ਸੋ ਪਾਇਦੇ ਹਰਿ ਨਾਮੁ ਧਿਆਵੈ ॥ ਜਿਸ ਨੋ ਕ੍ਰਿਪਾ ਕਰੇ ਤਿਸੁ ਗੁਰੁ ਮਿਲੈ ਸੋ ਹਰਿ ਗੁਣ ਗਾਵੈ ॥ ਧਰਮ ਰਾਇ ਤਿਨ ਕਾ ਮਿਤੁ ਹੈ ਜਮ ਮਗਿ ਨ ਪਾਵੈ ॥ ਹਰਿ ਨਾਮੁ ਧਿਆਵਹਿ ਦਿਨਸੁ ਰਾਤਿ ਹਰਿ ਨਾਮਿ ਸਮਾਵੈ ॥੧੪॥ ਸਲੋਕੁ ਮਃ ੧ ॥ ਸੁਣੀਐ ਏਕੁ ਵਖਾਣੀਐ ਸੁਰਗਿ ਮਿਰਤਿ ਪਇਆਲਿ ॥ ਹੁਕਮੁ ਨ ਜਾਈ ਮੇਟਿਆ ਜੋ ਲਿਖਿਆ ਸੋ

ਨਾਲਿ ॥ ਕਉਣੁ ਮੂਆ ਕਉਣੁ ਮਾਰਸੀ ਕਉਣੁ ਆਵੈ ਕਉਣੁ ਜਾਇ ॥ ਕਉਣੁ ਰਹਸੀ ਨਾਨਕਾ ਕਿਸ ਕੀ ਸੁਰਤਿ ਸਮਾਇ ॥੧॥ ਮਃ ੧ ॥ ਹਉ ਮੁਆ ਮੈ ਮਾਰਿਆ ਪਉਣੁ ਵਹੈ ਦਰੀਆਉ ॥ ਤ੍ਰਿਸਨਾ ਥਕੀ ਨਾਨਕਾ ਜਾ ਮਨੁ ਰਤਾ ਨਾਇ ॥ ਲੋਇਣ ਰਤੇ ਲੋਇਣੀ ਕੰਨੀ ਸੁਰਤਿ ਸਮਾਇ ॥ ਜੀਭ ਰਸਾਇਣਿ ਚੂਨੜੀ ਰਤੀ ਲਾਲ ਲਵਾਇ ॥ ਅੰਦਰੁ ਮੁਸਕਿ ਝਕੋਲਿਆ ਕੀਮਤਿ ਕਹੀ ਨ ਜਾਇ ॥੨॥ ਪਉੜੀ ॥ ਇਸੁ ਜੁਗ ਮਹਿ ਨਾਮੁ ਨਿਧਾਨੁ ਹੈ ਨਾਮੋ ਨਾਲਿ ਚਲੈ ॥ ਏਹੁ ਅਖੁਟੁ ਕਦੇ ਨ ਨਿਖੁਟਈ ਖਾਇ ਖਰਚਿਉ ਪਲੈ ॥ ਹਰਿ ਜਨ ਨੇੜਿ ਨ ਆਵਈ ਜਮਕੰਕਰ ਜਮਕਲੈ ॥ ਸੇ ਸਾਹ ਸਚੇ ਵਣਜਾਰਿਆ ਜਿਨ ਹਰਿ ਧਨੁ ਪਲੈ ॥ ਹਰਿ ਕਿਰਪਾ ਤੇ ਹਰਿ ਪਾਈਐ ਜਾ ਆਪਿ ਹਰਿ ਘਲੈ ॥੧੫॥

ਸਲੋਕੁ ਮਃ ੩ ॥ --

ਸਲੋਕ ਮਃ ੧ ॥ ਹਉ ਮੈ ਕਰੀ ਤਾਂ ਤੂ ਨਾਹੀ ਤੂ ਹੋਵਹਿ ਹਉ ਨਾਹਿ ॥ ਬੂਝਹੁ ਗਿਆਨੀ ਬੂਝਣਾ ਏਹ ਅਕਥ ਕਥਾ ਮਨ ਮਾਹਿ ॥ ਬਿਨੁ ਗੁਰ ਤਤੁ ਨ ਪਾਈਐ ਅਲਖੁ ਵਸੈ ਸਭ ਮਾਹਿ ॥ ਸਤਿਗੁਰੁ ਮਿਲੈ ਤ ਜਾਣੀਐ ਜਾਂ ਸਬਦੁ ਵਸੈ ਮਨ ਮਾਹਿ ॥ ਆਪੁ ਗਇਆ ਭ੍ਰਮੁ ਭਉ ਗਇਆ ਜਨਮ ਮਰਨ ਦੁਖ ਜਾਹਿ ॥ ਗੁਰਮਤਿ ਅਲਖੁ ਲਖਾਈਐ ਊਤਮ ਮਤਿ ਤਰਾਹਿ ॥ ਨਾਨਕ ਸੋਹੰ ਹੰਸਾ ਜਪੁ ਜਾਪਹੁ ਤ੍ਰਿਭਵਣ ਤਿਸੈ ਸਮਾਹਿ ॥੧॥

ਮਃ ੩ ॥ --

ਸਲੋਕ ਮਃ ੨ ॥ --

ਮਃ ੧ ॥ ਜਿਨਿ ਕੀਆ ਤਿਨਿ ਦੇਖਿਆ ਆਪੇ ਜਾਣੈ ਸੋਇ ॥ ਕਿਸ ਨੋ ਕਹੀਐ ਨਾਨਕਾ ਜਾ ਘਰਿ ਵਰਤੈ ਸਭੁ ਕੋਇ ॥੨॥ ਪਉੜੀ ॥ ਸਭੇ ਥੋਕ ਵਿਸਾਰਿ ਇਕੋ ਮਿਤੁ ਕਰਿ ॥ ਮਨੁ ਤਨੁ ਹੋਇ ਨਿਹਾਲੁ ਪਾਪਾ ਦਹੈ ਹਰਿ ॥ ਆਵਣ ਜਾਣਾ ਚੁਕੈ ਜਨਮਿ ਨ ਜਾਹਿ ਮਰਿ ॥ ਸਚੁ ਨਾਮੁ ਆਧਾਰੁ ਸੋਗਿ ਨ ਮੋਹਿ ਜਰਿ ॥ ਨਾਨਕ ਨਾਮੁ ਨਿਧਾਨੁ ਮਨ ਮਹਿ ਸੰਜਿ ਧਰਿ ॥੨●॥

ਸਲੋਕ ਮਃ ੫ ॥ ---

ਸਲੋਕ ਮਃ ੩ ॥ ---

ਅੰਗ 1094 ਤੋਂ ਮਾਰੂ ਵਾਰ ਮਹਲਾ ੫ ਡਖਣੇ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1102 ਤੱਕ ਹੈ।

ਅੰਗ 1102 ਤੋਂ ਰਾਗੁ ਮਾਰੂ ਬਾਣੀ ਕਬੀਰ ਜੀਉ ਕੀ ਸ਼ੁਰੂ ਹੋ ਕੇ, ਰਾਗੁ ਮਾਰੂ ਬਾਣੀ ਨਾਮਦੇਉ ਜੀ ਕੀ, ਰਾਗੁ ਮਾਰੂ ਬਾਣੀ ਜੈਦੇਉ ਜੀਉ ਕੀ ਅਤੇ ਰਾਗੁ ਮਾਰੂ ਬਾਣੀ ਰਵਿਦਾਸ ਜੀਉ ਕੀ ਅੰਗ 1106 ਤੱਕ ਹੈ।

ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ

ਅੰਗ 1107 ਤੋ ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1113 ਤੱਕ ਹੈ।

ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ

ੴ ਸਤਿਗੁਰ ਪ੍ਰਸਾਦਿ ॥

ਤੂ ਸੁਣਿ ਕਿਰਤ ਕਰੰਮਾ ਪੁਰਬਿ ਕਮਾਇਆ ॥ ਸਿਰਿ ਸਿਰਿ ਸੁਖ ਸਹੰਮਾ ਦੇਹਿ ਸੁ ਤੂ ਭਲਾ ॥ ਹਰਿ ਰਚਨਾ ਤੇਰੀ ਕਿਆ ਗਤਿ ਮੇਰੀ ਹਰਿ ਬਿਨੁ ਘੜੀ ਨ ਜੀਵਾ ॥ ਪ੍ਰਿਅ ਬਾਝੁ ਦੁਹੇਲੀ ਕੋਇ ਨ ਬੇਲੀ ਗੁਰਮੁਖਿ ਅੰਮ੍ਰਿਤੁ ਪੀਵਾਂ ॥ ਰਚਨਾ ਰਾਚਿ ਰਹੇ ਨਿਰੰਕਾਰੀ ਪ੍ਰਭ ਮਨਿ ਕਰਮ ਸੁਕਰਮਾ ॥ ਨਾਨਕ ਪੰਥੁ ਨਿਹਾਲੇ ਸਾ ਧਨ ਤੂ ਸੁਣਿ ਆਤਮ ਰਾਮਾ ॥੧॥ ਬਾਬੀਹਾ ਪ੍ਰਿਉ ਬੋਲੇ ਕੋਕਿਲ ਬਾਣੀਆ ॥ ਸਾਧਨ ਸਭਿ ਰਸ ਚੋਲੈ ਅੰਕਿ ਸਮਾਣੀਆ ॥ ਹਰਿ ਅੰਕਿ ਸਮਾਣੀ ਜਾ ਪ੍ਰਭ ਭਾਣੀ ਸਾ ਸੋਹਾਗਣਿ ਨਾਰੇ ॥ ਨਵ ਘਰ ਥਾਪਿ ਮਹਲ ਘਰੁ ਊਚਉ ਨਿਜ ਘਰਿ ਵਾਸੁ ਮੁਰਾਰੇ ॥ ਸਭ ਤੇਰੀ ਤੂ ਮੇਰਾ ਪ੍ਰੀਤਮੁ ਨਿਸਿ ਬਾਸੁਰ ਰੰਗਿ ਰਾਵੈ ॥ ਨਾਨਕ ਪ੍ਰਿਉ ਪ੍ਰਿਉ ਚਵੈ ਬਬੀਹਾ ਕੋਕਿਲ ਸਬਦਿ ਸੁਹਾਵੈ ॥੨॥ ਤੂ ਸੁਣਿ ਹਰਿ ਰਸ ਭਿੰਨੇ ਪ੍ਰੀਤਮ ਆਪਣੇ ॥ ਮਨਿ ਤਨਿ ਰਵਤ ਰਵੰਨੇ ਘੜੀ ਨ ਬੀਸਰੈ ॥ ਕਿਉ ਘੜੀ ਬਿਸਾਰੀ ਹਉ ਬਲਿਹਾਰੀ ਹਉ ਜੀਵਾ ਗੁਣ ਗਾਏ ॥ ਨਾ ਕੋਈ ਮੇਰਾ ਹਉ ਕਿਸੁ ਕੇਰਾ ਹਰਿ ਬਿਨੁ ਰਹਣੁ ਨ ਜਾਏ ॥ ਓਟ ਗਹੀ ਹਰਿ ਚਰਣ ਨਿਵਾਸੇ ਭਏ ਪਵਿਤ੍ਰ ਸਰੀਰਾ ॥ ਨਾਨਕ ਦ੍ਰਿਸਟਿ ਦੀਰਘ ਸੁਖੁ ਪਾਵੈ ਗੁਰ ਸਬਦੀ ਮਨੁ ਧੀਰਾ ॥੩॥ ਬਰਸੈ ਅੰਮ੍ਰਿਤ ਧਾਰ ਬੂੰਦ ਸੁਹਾਵਣੀ ॥ ਸਾਜਨ ਮਿਲੇ ਸਹਜਿ ਸੁਭਾਇ ਹਰਿ ਸਿਉ ਪ੍ਰੀਤਿ ਬਣੀ ॥ ਹਰਿ ਮੰਦਰਿ ਆਵੈ ਜਾ ਪ੍ਰਭ ਭਾਵੈ ਧਨ ਊਭੀ ਗੁਣ ਸਾਰੀ ॥ ਘਰਿ ਘਰਿ ਕੰਤੁ ਰਵੈ ਸੋਹਾਗਣਿ ਹਉ ਕਿਉ ਕੰਤਿ ਵਿਸਾਰੀ ॥ ਉਨਵਿ ਘਨ ਛਾਏ ਬਰਸੁ ਸੁਭਾਏ ਮਨਿ ਤਨਿ ਪ੍ਰੇਮੁ ਸੁਖਾਵੈ ॥ ਨਾਨਕ ਵਰਸੈ ਅੰਮ੍ਰਿਤ ਬਾਣੀ ਕਰਿ ਕਿਰਪਾ ਘਰਿ ਆਵੈ ॥੪॥ ਚੇਤੁ ਬਸੰਤੁ ਭਲਾ ਭਵਰ ਸੁਹਾਵੜੇ ॥ ਬਨ ਫੂਲੇ ਮੰਝ ਬਾਰਿ ਮੈ ਪਿਰੁ ਘਰਿ ਬਾਹੁੜੈ ॥ ਪਿਰੁ ਘਰਿ ਨਹੀ ਆਵੈ ਧਨ ਕਿਉ ਸੁਖੁ ਪਾਵੈ ਬਿਰਹਿ ਬਿਰੋਧ ਤਨੁ ਛੀਜੈ ॥ ਕੋਕਿਲ ਅੰਬਿ ਸੁਹਾਵੀ ਬੋਲੈ ਕਿਉ ਦੁਖੁ ਅੰਕਿ ਸਹੀਜੈ ॥ ਭਵਰੁ ਭਵੰਤਾ ਫੂਲੀ ਡਾਲੀ ਕਿਉ ਜੀਵਾ ਮਰੁ ਮਾਏ ॥ ਨਾਨਕ ਚੇਤਿ ਸਹਜਿ ਸੁਖੁ ਪਾਵੈ ਜੇ ਹਰਿ ਵਰੁ ਘਰਿ ਧਨ

ਪਾਏ ॥੫॥ ਵੈਸਾਖੁ ਭਲਾ ਸਾਚਾ ਵੇਸ ਕਰੇ ॥ ਧਨ ਦੇਖੈ ਹਰਿ ਦੁਆਰਿ ਆਵਹੁ ਦਇਆ ਕਰੇ ॥ ਘਰਿ ਆਉ ਪਿਆਰੇ ਦੁਤਰ ਤਾਰੇ ਤੁਧੁ ਬਿਨੁ ਅਢੁ ਨ ਮੋਲੋ ॥ ਕੀਮਤਿ ਕਉਣ ਕਰੇ ਤੁਧੁ ਭਾਵਾਂ ਦੇਖਿ ਦਿਖਾਵੈ ਢੋਲੋ ॥ ਦੂਰਿ ਨ ਜਾਨਾ ਅੰਤਰਿ ਮਾਨਾ ਹਰਿ ਕਾ ਮਹਲੁ ਪਛਾਨਾ ॥ ਨਾਨਕ ਵੈਸਾਖੀਂ ਪ੍ਰਭੁ ਪਾਵੈ ਸੁਰਤਿ ਸਬਦਿ ਮਨੁ ਮਾਨਾ ॥੬॥ ਮਾਹੁ ਜੇਠੁ ਭਲਾ ਪ੍ਰੀਤਮੁ ਕਿਉ ਬਿਸਰੈ ॥ ਥਲ ਤਾਪਹਿ ਸਰ ਭਾਰ ਸਾ ਧਨ ਬਿਨਉ ਕਰੈ ॥ ਧਨ ਬਿਨਉ ਕਰੇਦੀ ਗੁਣ ਸਾਰੇਦੀ ਗੁਣ ਸਾਰੀ ਪ੍ਰਭ ਭਾਵਾ ॥ ਸਾਚੈ ਮਹਲਿ ਰਹੈ ਬੈਰਾਗੀ ਆਵਣ ਦੇਹਿ ਤ ਆਵਾ ॥ ਨਿਮਾਣੀ ਨਿਤਾਣੀ ਹਰਿ ਬਿਨੁ ਕਿਉ ਪਾਵੈ ਸੁਖ ਮਹਲੀ ॥ ਨਾਨਕ ਜੇਠਿ ਜਾਣੈ ਤਿਸੁ ਜੈਸੀ ਕਰਮਿ ਮਿਲੈ ਗੁਣ ਗਹਿਲੀ ॥੭॥ ਆਸਾੜੁ ਭਲਾ ਸੂਰਜੁ ਗਗਨਿ ਤਪੈ ॥ ਧਰਤੀ ਦੂਖ ਸਹੈ ਸੋਖੈ ਅਗਨਿ ਭਖੈ ॥ ਅਗਨਿ ਰਸੁ ਸੋਖੈ ਮਰੀਐ ਧੋਖੈ ਭੀ ਸੋ ਕਿਰਤੁ ਨ ਹਾਰੇ ॥ ਰਥੁ ਫਿਰੈ ਛਾਇਆ ਧਨ ਤਾਕੈ ਟੀਡੁ ਲਵੈ ਮੰਝਿ ਬਾਰੇ ॥ ਅਵਗਣ ਬਾਧਿ ਚਲੀ ਦੁਖੁ ਆਗੈ ਸੁਖੁ ਤਿਸੁ ਸਾਚੁ ਸਮਾਲੇ ॥ ਨਾਨਕ ਜਿਸ ਨੋ ਇਹੁ ਮਨੁ ਦੀਆ ਮਰਣੁ ਜੀਵਣੁ ਪ੍ਰਭ ਨਾਲੇ ॥੮॥ ਸਾਵਣਿ ਸਰਸ ਮਨਾ ਘਣ ਵਰਸਹਿ ਰੁਤਿ ਆਏ ॥ ਮੈ ਮਨਿ ਤਨਿ ਸਹੁ ਭਾਵੈ ਪਿਰ ਪਰਦੇਸਿ ਸਿਧਾਏ ॥ ਪਿਰੁ ਘਰਿ ਨਹੀ ਆਵੈ ਮਰੀਐ ਹਾਵੈ ਦਾਮਨਿ ਚਮਕਿ ਡਰਾਏ ॥ ਸੇਜ ਇਕੇਲੀ ਖਰੀ ਦੁਹੇਲੀ ਮਰਣੁ ਭਇਆ ਦੁਖੁ ਮਾਏ ॥ ਹਰਿ ਬਿਨੁ ਨੀਦ ਭੂਖ ਕਹੁ ਕੈਸੀ ਕਾਪੜੁ ਤਨਿ ਨ ਸੁਖਾਵਏ ॥ ਨਾਨਕ ਸਾ ਸੋਹਾਗਣਿ ਕੰਤੀ ਪਿਰ ਕੈ ਅੰਕਿ ਸਮਾਵਏ ॥੯॥ ਭਾਦਉ ਭਰਮਿ ਭੁਲੀ ਭਰਿ ਜੋਬਨਿ ਪਛੁਤਾਣੀ ॥ ਜਲ ਥਲ ਨੀਰਿ ਭਰੇ ਬਰਸ ਰੁਤੇ ਰੰਗੁ ਮਾਣੀ ॥ ਬਰਸੈ ਨਿਸਿ ਕਾਲੀ ਕਿਉ ਸੁਖੁ ਬਾਲੀ ਦਾਦਰ ਮੋਰ ਲਵੰਤੇ ॥ ਪ੍ਰਿਉ ਪ੍ਰਿਉ ਚਵੈ ਬਬੀਹਾ ਬੋਲੇ ਭੁਇਅੰਗਮ ਫਿਰਹਿ ਡਸੰਤੇ ॥ ਮਛਰ ਡੰਗ ਸਾਇਰ ਭਰ ਸੁਭਰ ਬਿਨੁ ਹਰਿ ਕਿਉ ਸੁਖੁ ਪਾਈਐ ॥ ਨਾਨਕ ਪੂਛਿ ਚਲਉ ਗੁਰ ਅਪੁਨੇ ਜਹ ਪ੍ਰਭੁ ਤਹ ਹੀ ਜਾਈਐ ॥੧੦॥ ਅਸੁਨਿ ਆਉ ਪਿਰਾ ਸਾ ਧਨ ਝੂਰਿ ਮੁਈ ॥ ਤਾ ਮਿਲੀਐ ਪ੍ਰਭ ਮੇਲੇ ਦੂਜੈ ਭਾਇ ਖੁਈ ॥ ਝੂਠਿ ਵਿਗੁਤੀ ਤਾ ਪਿਰ ਮੁਤੀ ਕਹ ਕਾਹ ਸਿ ਫੁਲੇ ॥ ਆਗੈ ਘਾਮ ਪਿਛੈ ਰੁਤਿ ਜਾਡਾ ਦੇਖਿ ਚਲਤ ਮਨੁ ਡੋਲੇ ॥ ਦਹ ਦਿਸਿ ਸਾਖ ਹਰੀ ਹਰੀਆਵਲ ਸਹਜਿ ਪਕੈ ਸੋ ਮੀਠਾ ॥ ਨਾਨਕ ਅਸੁਨਿ ਮਿਲਹੁ ਪਿਆਰੇ ਸਤਿਗੁਰ ਭਏ ਬਸੀਠਾ ॥੧੧॥ ਕਤਕਿ ਕਿਰਤੁ ਪਇਆ ਜੋ ਪ੍ਰਭ ਭਾਇਆ ॥ ਦੀਪਕੁ ਸਹਜਿ ਬਲੈ

ਤਤਿ ਜਲਾਇਆ ॥ ਦੀਪਕ ਰਸ ਤੇਲੋ ਧਨ ਪਿਰ ਮੇਲੋ ਧਨ ਓਮਾਹੈ ਸਰਸੀ ॥ ਅਵਗਣ ਮਾਰੀ ਮਰੈ ਨ ਸੀਝੈ ਗੁਣਿ ਮਾਰੀ ਤਾ ਮਰਸੀ ॥ ਨਾਮੁ ਭਗਤਿ ਦੇ ਨਿਜ ਘਰਿ ਬੈਠੇ ਅਜਹੁ ਤਿਨਾੜੀ ਆਸਾ ॥ ਨਾਨਕ ਮਿਲਹੁ ਕਪਟ ਦਰ ਖੋਲਹੁ ਏਕ ਘੜੀ ਖਟੁ ਮਾਸਾ ॥੧੨॥ ਮੰਘਰ ਮਾਹੁ ਭਲਾ ਹਰਿ ਗੁਣ ਅੰਕਿ ਸਮਾਵਏ ॥ ਗੁਣਵੰਤੀ ਗੁਣ ਰਵੈ ਮੈ ਪਿਰੁ ਨਿਹਚਲੁ ਭਾਵਏ ॥ ਨਿਹਚਲੁ ਚਤੁਰੁ ਸੁਜਾਣੁ ਬਿਧਾਤਾ ਚੰਚਲੁ ਜਗਤੁ ਸਬਾਇਆ ॥ ਗਿਆਨੁ ਧਿਆਨੁ ਗੁਣ ਅੰਕਿ ਸਮਾਣੇ ਪ੍ਰਭ ਭਾਣੇ ਤਾ ਭਾਇਆ ॥ ਗੀਤ ਨਾਦ ਕਵਿਤ ਕਵੇ ਸੁਣਿ ਰਾਮ ਨਾਮਿ ਦੁਖੁ ਭਾਗੈ ॥ ਨਾਨਕ ਸਾ ਧਨ ਨਾਹ ਪਿਆਰੀ ਅਭ ਭਗਤੀ ਪਿਰ ਆਗੈ ॥੧੩॥ ਪੋਖਿ ਤੁਖਾਰੁ ਪੜੈ ਵਣੁ ਤ੍ਰਿਣੁ ਰਸੁ ਸੋਖੈ ॥ ਆਵਤ ਕੀ ਨਾਹੀ ਮਨਿ ਤਨਿ ਵਸਹਿ ਮੁਖੇ ॥ ਮਨਿ ਤਨਿ ਰਵਿ ਰਹਿਆ ਜਗਜੀਵਨੁ ਗੁਰ ਸਬਦੀ ਰੰਗੁ ਮਾਣੀ ॥ ਅੰਡਜ ਜੇਰਜ ਸੇਤਜ ਉਤਭੁਜ ਘਟਿ ਘਟਿ ਜੋਤਿ ਸਮਾਣੀ ॥ ਦਰਸਨੁ ਦੇਹੁ ਦਇਆਪਤਿ ਦਾਤੇ ਗਤਿ ਪਾਵਉ ਮਤਿ ਦੇਹੋ ॥ ਨਾਨਕ ਰੰਗਿ ਰਵੈ ਰਸਿ ਰਸੀਆ ਹਰਿ ਸਿਉ ਪ੍ਰੀਤਿ ਸਨੇਹੋ ॥੧੪॥ ਮਾਘਿ ਪੁਨੀਤ ਭਈ ਤੀਰਥੁ ਅੰਤਰਿ ਜਾਨਿਆ ॥ ਸਾਜਨ ਸਹਜਿ ਮਿਲੇ ਗੁਣ ਗਹਿ ਅੰਕਿ ਸਮਾਨਿਆ ॥ ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ ਤੁਧੁ ਭਾਵਾ ਸਰਿ ਨਾਵਾ ॥ ਗੰਗ ਜਮੁਨ ਤਹ ਬੇਣੀ ਸੰਗਮ ਸਾਤ ਸਮੁੰਦ ਸਮਾਵਾ ॥ ਪੁੰਨ ਦਾਨ ਪੂਜਾ ਪਰਮੇਸੁਰ ਜੁਗਿ ਜੁਗਿ ਏਕੋ ਜਾਤਾ ॥ ਨਾਨਕ ਮਾਘਿ ਮਹਾ ਰਸੁ ਹਰਿ ਜਪਿ ਅਠਸਠਿ ਤੀਰਥ ਨਾਤਾ ॥੧੫॥ ਫਲਗੁਨਿ ਮਨਿ ਰਹਸੀ ਪ੍ਰੇਮੁ ਸੁਭਾਇਆ ॥ ਅਨਦਿਨੁ ਰਹਸੁ ਭਇਆ ਆਪੁ ਗਵਾਇਆ ॥ ਮਨ ਮੋਹੁ ਚੁਕਾਇਆ ਜਾ ਤਿਸੁ ਭਾਇਆ ਕਰਿ ਕਿਰਪਾ ਘਰਿ ਆਓ ॥ ਬਹੁਤੇ ਵੇਸ ਕਰੀ ਪਿਰ ਬਾਝਹੁ ਮਹਲੀ ਲਹਾ ਨ ਥਾਓ ॥ ਹਾਰ ਡੋਰ ਰਸ ਪਾਟ ਪਟੰਬਰ ਪਿਰਿ ਲੋੜੀ ਸੀਗਾਰੀ ॥ ਨਾਨਕ ਮੇਲਿ ਲਈ ਗੁਰਿ ਅਪਣੈ ਘਰਿ ਵਰੁ ਪਾਇਆ ਨਾਰੀ ॥੧੬॥ ਬੇ ਦਸ ਮਾਹ ਰੁਤੀ ਥਿਤੀ ਵਾਰ ਭਲੇ ॥ ਘੜੀ ਮੂਰਤ ਪਲ ਸਾਚੇ ਆਏ ਸਹਜਿ ਮਿਲੇ ॥ ਪ੍ਰਭ ਮਿਲੇ ਪਿਆਰੇ ਕਾਰਜ ਸਾਰੇ ਕਰਤਾ ਸਭ ਬਿਧਿ ਜਾਣੈ ॥ ਜਿਨਿ ਸੀਗਾਰੀ ਤਿਸਹਿ ਪਿਆਰੀ ਮੇਲੁ ਭਇਆ ਰੰਗੁ ਮਾਣੈ ॥ ਘਰਿ ਸੇਜ ਸੁਹਾਵੀ ਜਾ ਪਿਰਿ ਰਾਵੀ ਗੁਰਮੁਖਿ ਮਸਤਕਿ ਭਾਗੋ ॥ ਨਾਨਕ ਅਹਿਨਿਸਿ ਰਾਵੈ ਪ੍ਰੀਤਮੁ ਹਰਿ ਵਰੁ ਥਿਰੁ ਸੋਹਾਗੋ ॥੧੭॥੧॥ ਤੁਖਾਰੀ ਮਹਲਾ ੧ ॥ ਪਹਿਲੈ ਪਹਰੈ ਨੈਣ ਸਲੋਨੜੀਏ ਰੈਣਿ ਅੰਧਿਆਰੀ ਰਾਮ ॥ ਵਖਰੁ ਰਾਖੁ ਮੁਈਏ ਆਵੈ

ਵਾਰੀ ਰਾਮ ॥ ਵਾਰੀ ਆਵੈ ਕਵਣੁ ਜਗਾਵੈ ਸੂਤੀ ਜਮ ਰਸੁ ਚੂਸਏ ॥ ਰੈਣਿ ਅੰਧੇਰੀ ਕਿਆ ਪਤਿ ਤੇਰੀ ਚੋਰੁ ਪੜੈ ਘਰੁ ਮੂਸਏ ॥ ਰਾਖਣਹਾਰਾ ਅਗਮ ਅਪਾਰਾ ਸੁਣਿ ਬੇਨੰਤੀ ਮੇਰੀਆ ॥ ਨਾਨਕ ਮੂਰਖੁ ਕਬਹਿ ਨ ਚੇਤੈ ਕਿਆ ਸੂਝੈ ਰੈਣਿ ਅੰਧੇਰੀਆ ॥੧॥ ਦੂਜਾ ਪਹਰੁ ਭਇਆ ਜਾਗੁ ਅਚੇਤੀ ਰਾਮ ॥ ਵਖਰੁ ਰਾਖੁ ਮੁਈਏ ਖਾਜੈ ਖੇਤੀ ਰਾਮ ॥ ਰਾਖਹੁ ਖੇਤੀ ਹਰਿ ਗੁਰ ਹੇਤੀ ਜਾਗਤ ਚੋਰੁ ਨ ਲਾਗੈ ॥ ਜਮ ਮਗਿ ਨ ਜਾਵਹੁ ਨਾ ਦੁਖੁ ਪਾਵਹੁ ਜਮ ਕਾ ਡਰੁ ਭਉ ਭਾਗੈ ॥ ਰਵਿ ਸਸਿ ਦੀਪਕ ਗੁਰਮਤਿ ਦੁਆਰੈ ਮਨਿ ਸਾਚਾ ਮੁਖਿ ਧਿਆਵਏ ॥ ਨਾਨਕ ਮੂਰਖੁ ਅਜਹੁ ਨ ਚੇਤੈ ਕਿਵ ਦੂਜੈ ਸੁਖੁ ਪਾਵਏ ॥੨॥ ਤੀਜਾ ਪਹਰੁ ਭਇਆ ਨੀਦ ਵਿਆਪੀ ਰਾਮ ॥ ਮਾਇਆ ਸੁਤ ਦਾਰਾ ਦੂਖਿ ਸੰਤਾਪੀ ਰਾਮ ॥ ਮਾਇਆ ਸੁਤ ਦਾਰਾ ਜਗਤ ਪਿਆਰਾ ਚੋਗ ਚੁਗੈ ਨਿਤ ਫਾਸੈ ॥ ਨਾਮੁ ਧਿਆਵੈ ਤਾ ਸੁਖੁ ਪਾਵੈ ਗੁਰਮਤਿ ਕਾਲੁ ਨ ਗ੍ਰਾਸੈ ॥ ਜੰਮਣੁ ਮਰਣੁ ਕਾਲੁ ਨਹੀ ਛੋਡੈ ਵਿਣੁ ਨਾਵੈ ਸੰਤਾਪੀ ॥ ਨਾਨਕ ਤੀਜੈ ਤ੍ਰਿਬਿਧਿ ਲੋਕਾ ਮਾਇਆ ਮੋਹਿ ਵਿਆਪੀ ॥੩॥ ਚਉਥਾ ਪਹਰੁ ਭਇਆ ਦਉਤੁ ਬਿਹਾਗੈ ਰਾਮ ॥ ਤਿਨ ਘਰੁ ਰਾਖਿਅੜਾ ਜੁੋ ਅਨਦਿਨੁ ਜਾਗੈ ਰਾਮ ॥ ਗੁਰ ਪੂਛਿ ਜਾਗੇ ਨਾਮਿ ਲਾਗੇ ਤਿਨਾ ਰੈਣਿ ਸੁਹੇਲੀਆ ॥ ਗੁਰ ਸਬਦੁ ਕਮਾਵਹਿ ਜਨਮਿ ਨ ਆਵਹਿ ਤਿਨਾ ਹਰਿ ਪ੍ਰਭੁ ਬੇਲੀਆ ॥ ਕਰ ਕੰਪਿ ਚਰਣ ਸਰੀਰੁ ਕੰਪੈ ਨੈਣ ਅੰਧੁਲੇ ਤਨੁ ਭਸਮ ਸੇ ॥ ਨਾਨਕ ਦੁਖੀਆ ਜੁਗ ਚਾਰੇ ਬਿਨੁ ਨਾਮ ਹਰਿ ਕੇ ਮਨਿ ਵਸੇ ॥੪॥ ਖੂਲੀ ਗੰਠਿ ਉਠੋ ਲਿਖਿਆ ਆਇਆ ਰਾਮ ॥ ਰਸ ਕਸ ਸੁਖ ਠਾਕੇ ਬੰਧਿ ਚਲਾਇਆ ਰਾਮ ॥ ਬੰਧਿ ਚਲਾਇਆ ਜਾ ਪ੍ਰਭ ਭਾਇਆ ਨਾ ਦੀਸੈ ਨਾ ਸੁਣੀਐ ॥ ਆਪਣ ਵਾਰੀ ਸਭਸੈ ਆਵੈ ਪਕੀ ਖੇਤੀ ਲੁਣੀਐ ॥ ਘੜੀ ਚਸੇ ਕਾ ਲੇਖਾ ਲੀਜੈ ਬੁਰਾ ਭਲਾ ਸਹੁ ਜੀਆ ॥ ਨਾਨਕ ਸੁਰਿ ਨਰ ਸਬਦਿ ਮਿਲਾਏ ਤਿਨਿ ਪ੍ਰਭਿ ਕਾਰਣੁ ਕੀਆ ॥੫॥੨॥ ਤੁਖਾਰੀ ਮਹਲਾ ੧ ॥ ਤਾਰਾ ਚੜਿਆ ਲੰਮਾ ਕਿਉ ਨਦਰਿ ਨਿਹਾਲਿਆ ਰਾਮ ॥ ਸੇਵਕ ਪੂਰ ਕਰੰਮਾ ਸਤਿਗੁਰਿ ਸਬਦਿ ਦਿਖਾਲਿਆ ਰਾਮ ॥ ਗੁਰ ਸਬਦਿ ਦਿਖਾਲਿਆ ਸਚੁ ਸਮਾਲਿਆ ਅਹਿਨਿਸਿ ਦੇਖਿ ਬੀਚਾਰਿਆ ॥ ਧਾਵਤ ਪੰਚ ਰਹੇ ਘਰੁ ਜਾਣਿਆ ਕਾਮੁ ਕ੍ਰੋਧੁ ਬਿਖੁ ਮਾਰਿਆ ॥ ਅੰਤਰਿ ਜੋਤਿ ਭਈ ਗੁਰ ਸਾਖੀ ਚੀਨੇ ਰਾਮ ਕਰੰਮਾ ॥ ਨਾਨਕ ਹਉਮੈ ਮਾਰਿ ਪਤੀਣੇ ਤਾਰਾ ਚੜਿਆ ਲੰਮਾ ॥੧॥ ਗੁਰਮੁਖਿ ਜਾਗਿ ਰਹੇ ਚੂਕੀ ਅਭਿਮਾਨੀ ਰਾਮ ॥ ਅਨਦਿਨੁ ਭੋਰੁ ਭਇਆ

ਸਾਚਿ ਸਮਾਨੀ ਰਾਮ ॥ ਸਾਚਿ ਸਮਾਨੀ ਗੁਰਮੁਖਿ ਮਨਿ ਭਾਨੀ ਗੁਰਮੁਖਿ ਸਾਬਤੁ ਜਾਗੇ ॥ ਸਾਚੁ ਨਾਮੁ ਅੰਮ੍ਰਿਤੁ ਗੁਰਿ ਦੀਆ ਹਰਿ ਚਰਨੀ ਲਿਵ ਲਾਗੇ ॥ ਪ੍ਰਗਟੀ ਜੋਤਿ ਜੋਤਿ ਮਹਿ ਜਾਤਾ ਮਨਮੁਖਿ ਭਰਮਿ ਭੁਲਾਣੀ ॥ ਨਾਨਕ ਭੋਰੁ ਭਇਆ ਮਨੁ ਮਾਨਿਆ ਜਾਗਤ ਰੈਣਿ ਵਿਹਾਣੀ ॥੨॥ ਅਉਗਣ ਵੀਸਰਿਆ ਗੁਣੀ ਘਰੁ ਕੀਆ ਰਾਮ ॥ ਏਕੋ ਰਵਿ ਰਹਿਆ ਅਵਰੁ ਨ ਬੀਆ ਰਾਮ ॥ ਰਵਿ ਰਹਿਆ ਸੋਈ ਅਵਰੁ ਨ ਕੋਈ ਮਨ ਹੀ ਤੇ ਮਨੁ ਮਾਨਿਆ ॥ ਜਿਨਿ ਜਲ ਥਲ ਤ੍ਰਿਭਵਣ ਘਟੁ ਘਟੁ ਥਾਪਿਆ ਸੋ ਪ੍ਰਭੁ ਗੁਰਮੁਖਿ ਜਾਨਿਆ ॥ ਕਰਣ ਕਾਰਣ ਸਮਰਥ ਅਪਾਰਾ ਤ੍ਰਿਬਿਧਿ ਮੇਟਿ ਸਮਾਈ ॥ ਨਾਨਕ ਅਵਗਣ ਗੁਣਹ ਸਮਾਣੇ ਐਸੀ ਗੁਰਮਤਿ ਪਾਈ ॥੩॥ ਆਵਣ ਜਾਣ ਰਹੇ ਚੂਕਾ ਭੋਲਾ ਰਾਮ ॥ ਹਉਮੈ ਮਾਰਿ ਮਿਲੇ ਸਾਚਾ ਚੋਲਾ ਰਾਮ ॥ ਹਉਮੈ ਗੁਰਿ ਖੋਈ ਪਰਗਟੁ ਹੋਈ ਚੂਕੇ ਸੋਗ ਸੰਤਾਪੈ ॥ ਜੋਤੀ ਅੰਦਰਿ ਜੋਤਿ ਸਮਾਣੀ ਆਪੁ ਪਛਾਤਾ ਆਪੈ ॥ ਪੇਈਅੜੈ ਘਰਿ ਸਬਦਿ ਪਤੀਣੀ ਸਾਹੁਰੜੈ ਪਿਰ ਭਾਣੀ ॥ ਨਾਨਕ ਸਤਿਗੁਰਿ ਮੇਲਿ ਮਿਲਾਈ ਚੂਕੀ ਕਾਣਿ ਲੋਕਾਣੀ ॥੪॥੩॥ ਤੁਖਾਰੀ ਮਹਲਾ ੧ ॥ ਭੋਲਾਵੜੈ ਭੁਲੀ ਭੁਲਿ ਭੁਲਿ ਪਛੋਤਾਣੀ ॥ ਪਿਰਿ ਛੋਡਿਅੜੀ ਸੁਤੀ ਪਿਰ ਕੀ ਸਾਰ ਨ ਜਾਣੀ ॥ ਪਿਰਿ ਛੋਡੀ ਸੁਤੀ ਅਵਗਣਿ ਮੁਤੀ ਤਿਸੁ ਧਨ ਵਿਧਣ ਰਾਤੇ ॥ ਕਾਮਿ ਕ੍ਰੋਧਿ ਅਹੰਕਾਰਿ ਵਿਗੁਤੀ ਹਉਮੈ ਲਗੀ ਤਾਤੇ ॥ ਉਡਰਿ ਹੰਸੁ ਚਲਿਆ ਫੁਰਮਾਇਆ ਭਸਮੈ ਭਸਮ ਸਮਾਣੀ ॥ ਨਾਨਕ ਸਚੇ ਨਾਮ ਵਿਹੂਣੀ ਭੁਲਿ ਭੁਲਿ ਪਛੋਤਾਣੀ ॥੧॥ ਸੁਣਿ ਨਾਹ ਪਿਆਰੇ ਇਕ ਬੇਨੰਤੀ ਮੇਰੀ ॥ ਤੂ ਨਿਜ ਘਰਿ ਵਸਿਅੜਾ ਹਉ ਰੁਲਿ ਭਸਮੈ ਢੇਰੀ ॥ ਬਿਨੁ ਅਪਨੇ ਨਾਹੈ ਕੋਇ ਨ ਚਾਹੈ ਕਿਆ ਕਹੀਐ ਕਿਆ ਕੀਜੈ ॥ ਅੰਮ੍ਰਿਤ ਨਾਮੁ ਰਸਨ ਰਸੁ ਰਸਨਾ ਗੁਰ ਸਬਦੀ ਰਸੁ ਪੀਜੈ ॥ ਵਿਣੁ ਨਾਵੈ ਕੋ ਸੰਗਿ ਨ ਸਾਥੀ ਆਵੈ ਜਾਇ ਘਨੇਰੀ ॥ ਨਾਨਕ ਲਾਹਾ ਲੈ ਘਰਿ ਜਾਈਐ ਸਾਚੀ ਸਚੁ ਮਤਿ ਤੇਰੀ ॥੨॥ ਸਾਜਨ ਦੇਸਿ ਵਿਦੇਸੀਅੜੇ ਸਾਨੇਹੜੇ ਦੇਦੀ ॥ ਸਾਰਿ ਸਮਾਲੇ ਤਿਨ ਸਜਣਾ ਮੁੰਧ ਨੈਣ ਭਰੇਦੀ ॥ ਮੁੰਧ ਨੈਣ ਭਰੇਦੀ ਗੁਣ ਸਾਰੇਦੀ ਕਿਉ ਪ੍ਰਭ ਮਿਲਾ ਪਿਆਰੇ ॥ ਮਾਰਗੁ ਪੰਥੁ ਨ ਜਾਣਉ ਵਿਖੜਾ ਕਿਉ ਪਾਈਐ ਪਿਰੁ ਪਾਰੇ ॥ ਸਤਿਗੁਰ ਸਬਦੀ ਮਿਲੈ ਵਿਛੁੰਨੀ ਤਨੁ ਮਨੁ ਆਗੈ ਰਾਖੈ ॥ ਨਾਨਕ ਅੰਮ੍ਰਿਤ ਬਿਰਖੁ ਮਹਾ ਰਸ ਫਲਿਆ ਮਿਲਿ ਪ੍ਰੀਤਮ ਰਸੁ ਚਾਖੈ ॥੩॥ ਮਹਲਿ ਬੁਲਾਇੜੀਏ ਬਿਲਮੁ ਨ ਕੀਜੈ ॥ ਅਨਦਿਨੁ ਰਤੜੀਏ ਸਹਜਿ ਮਿਲੀਜੈ ॥ ਸੁਖਿ

ਸਹਜਿ ਮਿਲੀਜੈ ਰੋਸੁ ਨ ਕੀਜੈ ਗਰਬੁ ਨਿਵਾਰਿ ਸਮਾਣੀ ॥ ਸਾਚੈ ਰਾਤੀ ਮਿਲੈ ਮਿਲਾਈ ਮਨਮੁਖਿ ਆਵਣ ਜਾਣੀ ॥ ਜਬ ਨਾਚੀ ਤਬ ਘੂਘਟੁ ਕੈਸਾ ਮਟੁਕੀ ਫੋੜਿ ਨਿਰਾਰੀ ॥ ਨਾਨਕ ਆਪੈ ਆਪੁ ਪਛਾਣੈ ਗੁਰਮੁਖਿ ਤਤੁ ਬੀਚਾਰੀ ॥੪॥੪॥ ਤੁਖਾਰੀ ਮਹਲਾ ੧ ॥ ਮੇਰੇ ਲਾਲ ਰੰਗੀਲੇ ਹਮ ਲਾਲਨ ਕੇ ਲਾਲੇ ॥ ਗੁਰਿ ਅਲਖੁ ਲਖਾਇਆ ਅਵਰੁ ਨ ਦੂਜਾ ਭਾਲੇ ॥ ਗੁਰਿ ਅਲਖੁ ਲਖਾਇਆ ਜਾ ਤਿਸੁ ਭਾਇਆ ਜਾ ਪ੍ਰਭਿ ਕਿਰਪਾ ਧਾਰੀ ॥ ਜਗਜੀਵਨੁ ਦਾਤਾ ਪੁਰਖੁ ਬਿਧਾਤਾ ਸਹਜਿ ਮਿਲੇ ਬਨਵਾਰੀ ॥ ਨਦਰਿ ਕਰਹਿ ਤੂ ਤਾਰਹਿ ਤਰੀਐ ਸਚੁ ਦੇਵਹੁ ਦੀਨ ਦਇਆਲਾ ॥ ਪ੍ਰਣਵਤਿ ਨਾਨਕ ਦਾਸਨਿ ਦਾਸਾ ਤੂ ਸਰਬ ਜੀਆ ਪ੍ਰਤਿਪਾਲਾ ॥੧॥ ਭਰਿਪੁਰਿ ਧਾਰਿ ਰਹੇ ਅਤਿ ਪਿਆਰੇ ॥ ਸਬਦੇ ਰਵਿ ਰਹਿਆ ਗੁਰ ਰੂਪਿ ਮੁਰਾਰੇ ॥ ਗੁਰ ਰੂਪ ਮੁਰਾਰੇ ਤ੍ਰਿਭਵਣ ਧਾਰੇ ਤਾ ਕਾ ਅੰਤੁ ਨ ਪਾਇਆ ॥ ਰੰਗੀ ਜਿਨਸੀ ਜੰਤ ਉਪਾਏ ਨਿਤ ਦੇਵੈ ਚੜੈ ਸਵਾਇਆ ॥ ਅਪਰੰਪਰੁ ਆਪੇ ਥਾਪਿ ਉਥਾਪੇ ਤਿਸੁ ਭਾਵੈ ਸੋ ਹੋਵੈ ॥ ਨਾਨਕ ਹੀਰਾ ਹੀਰੈ ਬੇਧਿਆ ਗੁਣ ਕੈ ਹਾਰਿ ਪਰੋਵੈ ॥੨॥ ਗੁਣ ਗੁਣਹਿ ਸਮਾਣੇ ਮਸਤਕਿ ਨਾਮ ਨੀਸਾਣੋ ॥ ਸਚੁ ਸਾਚਿ ਸਮਾਇਆ ਚੂਕਾ ਆਵਣ ਜਾਣੋ ॥ ਸਚੁ ਸਾਚਿ ਪਛਾਤਾ ਸਾਚੈ ਰਾਤਾ ਸਾਚੁ ਮਿਲੈ ਮਨਿ ਭਾਵੈ ॥ ਸਾਚੇ ਊਪਰਿ ਅਵਰੁ ਨ ਦੀਸੈ ਸਾਚੇ ਸਾਚਿ ਸਮਾਵੈ ॥ ਮੋਹਨਿ ਮੋਹਿ ਲੀਆ ਮਨੁ ਮੇਰਾ ਬੰਧਨ ਖੋਲਿ ਨਿਰਾਰੇ ॥ ਨਾਨਕ ਜੋਤੀ ਜੋਤਿ ਸਮਾਣੀ ਜਾ ਮਿਲਿਆ ਅਤਿ ਪਿਆਰੇ ॥੩॥ ਸਚ ਘਰੁ ਖੋਜਿ ਲਹੇ ਸਾਚਾ ਗੁਰ ਥਾਨੋ ॥ ਮਨਮੁਖਿ ਨਹ ਪਾਈਐ ਗੁਰਮੁਖਿ ਗਿਆਨੋ ॥ ਦੇਵੈ ਸਚੁ ਦਾਨੋ ਸੋ ਪਰਵਾਨੋ ਸਦਾ ਦਾਤਾ ਵਡ ਦਾਣਾ ॥ ਅਮਰੁ ਅਜੋਨੀ ਅਸਥਿਰੁ ਜਾਪੈ ਸਾਚਾ ਮਹਲੁ ਚਿਰਾਣਾ ॥ ਦੋਤਿ ਉਚਾਪਤਿ ਲੇਖੁ ਨ ਲਿਖੀਐ ਪ੍ਰਗਟੀ ਜੋਤਿ ਮੁਰਾਰੀ ॥ ਨਾਨਕ ਸਾਚਾ ਸਾਚੈ ਰਾਚਾ ਗੁਰਮੁਖਿ ਤਰੀਐ ਤਾਰੀ ॥੪॥੫॥ ਤੁਖਾਰੀ ਮਹਲਾ ੧ ॥ ਏ ਮਨ ਮੇਰਿਆ ਤੂ ਸਮਝੁ ਅਚੇਤ ਇਆਣਿਆ ਰਾਮ ॥ ਏ ਮਨ ਮੇਰਿਆ ਛਡਿ ਅਵਗਣ ਗੁਣੀ ਸਮਾਣਿਆ ਰਾਮ ॥ ਬਹੁ ਸਾਦ ਲੁਭਾਣੇ ਕਿਰਤ ਕਮਾਣੇ ਵਿਛੁੜਿਆ ਨਹੀ ਮੇਲਾ ॥ ਕਿਉ ਦੁਤਰੁ ਤਰੀਐ ਜਮ ਡਰਿ ਮਰੀਐ ਜਮ ਕਾ ਪੰਥੁ ਦੁਹੇਲਾ ॥ ਮਨਿ ਰਾਮੁ ਨਹੀ ਜਾਤਾ ਸਾਝ ਪ੍ਰਭਾਤਾ ਅਵਘਟਿ ਰੁਧਾ ਕਿਆ ਕਰੇ ॥ ਬੰਧਨਿ ਬਾਧਿਆ ਇਨ ਬਿਧਿ ਛੂਟੈ ਗੁਰਮੁਖਿ ਸੇਵੈ ਨਰਹਰੇ ॥੧॥ ਏ ਮਨ ਮੇਰਿਆ ਤੂ ਛੋਡਿ ਆਲ ਜੰਜਾਲਾ ਰਾਮ ॥ ਏ ਮਨ ਮੇਰਿਆ ਹਰਿ ਸੇਵਹੁ

ਪੁਰਖੁ ਨਿਰਾਲਾ ਰਾਮ ॥ ਹਰਿ ਸਿਮਰਿ ਏਕੰਕਾਰੁ ਸਾਚਾ ਸਭੁ ਜਗਤੁ ਜਿੰਨਿ ਉਪਾਇਆ ॥ ਪਉਣੁ ਪਾਣੀ ਅਗਨਿ ਬਾਧੇ ਗੁਰਿ ਖੇਲੁ ਜਗਤਿ ਦਿਖਾਇਆ ॥ ਆਚਾਰਿ ਤੂ ਵੀਚਾਰਿ ਆਪੇ ਹਰਿ ਨਾਮੁ ਸੰਜਮ ਜਪ ਤਪੋ ॥ ਸਖਾ ਸੈਨੁ ਪਿਆਰੁ ਪ੍ਰੀਤਮੁ ਨਾਮੁ ਹਰਿ ਕਾ ਜਪੁ ਜਪੋ ॥੨॥ ਏ ਮਨ ਮੇਰਿਆ ਤੂ ਥਿਰੁ ਰਹੁ ਚੋਟ ਨ ਖਾਵਹੀ ਰਾਮ ॥ ਏ ਮਨ ਮੇਰਿਆ ਗੁਣ ਗਾਵਹਿ ਸਹਜਿ ਸਮਾਵਹੀ ਰਾਮ ॥ ਗੁਣ ਗਾਇ ਰਾਮ ਰਸਾਇ ਰਸੀਅਹਿ ਗੁਰ ਗਿਆਨ ਅੰਜਨੁ ਸਾਰਹੇ ॥ ਤ੍ਰੈ ਲੋਕ ਦੀਪਕੁ ਸਬਦਿ ਚਾਨਣੁ ਪੰਚ ਦੂਤ ਸੰਘਾਰਹੇ ॥ ਭੈ ਕਾਟਿ ਨਿਰਭਉ ਤਰਹਿ ਦੁਤਰੁ ਗੁਰਿ ਮਿਲਿਐ ਕਾਰਜ ਸਾਰਏ ॥ ਰੂਪੁ ਰੰਗੁ ਪਿਆਰੁ ਹਰਿ ਸਿਉ ਹਰਿ ਆਪਿ ਕਿਰਪਾ ਧਾਰਏ ॥੩॥ ਏ ਮਨ ਮੇਰਿਆ ਤੂ ਕਿਆ ਲੈ ਆਇਆ ਕਿਆ ਲੈ ਜਾਇਸੀ ਰਾਮ ॥ ਏ ਮਨ ਮੇਰਿਆ ਤਾ ਛੁਟਸੀ ਜਾ ਭਰਮੁ ਚੁਕਾਇਸੀ ਰਾਮ ॥ ਧਨੁ ਸੰਚਿ ਹਰਿ ਹਰਿ ਨਾਮ ਵਖਰੁ ਗੁਰ ਸਬਦਿ ਭਾਉ ਪਛਾਣਹੇ ॥ ਮੈਲੁ ਪਰਹਰਿ ਸਬਦਿ ਨਿਰਮਲੁ ਮਹਲੁ ਘਰੁ ਸਚੁ ਜਾਣਹੇ ॥ ਪਤਿ ਨਾਮੁ ਪਾਵਹਿ ਘਰਿ ਸਿਧਾਵਹਿ ਝੋਲਿ ਅੰਮ੍ਰਿਤ ਪੀ ਰਸੋ ॥ ਹਰਿ ਨਾਮੁ ਧਿਆਈਐ ਸਬਦਿ ਰਸੁ ਪਾਈਐ ਵਡਭਾਗਿ ਜਪੀਐ ਹਰਿ ਜਸੋ ॥੪॥ ਏ ਮਨੁ ਮੇਰਿਆ ਬਿਨੁ ਪਉੜੀਆ ਮੰਦਰਿ ਕਿਉ ਚੜੈ ਰਾਮ ॥ ਏ ਮਨ ਮੇਰਿਆ ਬਿਨੁ ਬੇੜੀ ਪਾਰਿ ਨ ਅੰਬੜੈ ਰਾਮ ॥ ਪਾਰਿ ਸਾਜਨੁ ਅਪਾਰੁ ਪ੍ਰੀਤਮੁ ਗੁਰ ਸਬਦ ਸੁਰਤਿ ਲੰਘਾਵਏ ॥ ਮਿਲਿ ਸਾਧਸੰਗਤਿ ਕਰਹਿ ਰਲੀਆ ਫਿਰਿ ਨ ਪਛੋਤਾਵਏ ॥ ਕਰਿ ਦਇਆ ਦਾਨੁ ਦਇਆਲ ਸਾਚਾ ਹਰਿ ਨਾਮ ਸੰਗਤਿ ਪਾਵਓ ॥ ਨਾਨਕੁ ਪਇਅੰਪੈ ਸੁਣਹੁ ਪ੍ਰੀਤਮ ਗੁਰ ਸਬਦਿ ਮਨੁ ਸਮਝਾਵਓ ॥੫॥੬॥

ਅੰਗ 1113 ਤੋਂ ਤੁਖਾਰੀ ਛੰਤ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1117 ਤੱਕ ਹੈ।

ਅੰਗ 1117 'ਤੇ ਤੁਖਾਰੀ ਛੰਤ ਮਹਲਾ ੫ ਬਾਣੀ ਦਰਜ ਹੈ।

ਅੰਗ 1118 ਤੋਂ ਕੇਦਾਰਾ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1119 ਤੱਕ ਹੈ।

ਅੰਗ 1119 ਤੋਂ ਕੇਦਾਰਾ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1122 ਤੱਕ ਹੈ।

ਅੰਗ 1122 'ਤੇ ਕੇਦਾਰਾ ਛੰਤ ਮਹਲਾ ੫ ਬਾਣੀ ਦਰਜ ਹੈ।

ਅੰਗ 1123 ਤੋਂ ਅੰਗ 1124 ਤੱਕ ਰਾਗੁ ਕੇਦਾਰਾ ਬਾਣੀ ਕਬੀਰ ਜੀਉ ਕੀ ਅਤੇ ਰਾਗੁ ਕੇਦਾਰਾ ਬਾਣੀ ਰਵਿਦਾਸ ਜੀਉ ਕੀ ਦਰਜ ਹੈ।

ਰਾਗੁ ਭੈਰਉ ਮਹਲਾ ੧ ਘਰੁ ੧ ਚਉਪਦੇ

ਅੰਗ 1125 ਤੋਂ ਰਾਗੁ ਭੈਰਉ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1027 ਤੱਕ ਹੈ।

ਰਾਗੁ ਭੈਰਉ ਮਹਲਾ ੧ ਘਰੁ ੧ ਚਉਪਦੇ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਤੁਝ ਤੇ ਬਾਹਰਿ ਕਿਛੂ ਨ ਹੋਇ ॥ ਤੂ ਕਰਿ ਕਰਿ ਦੇਖਹਿ ਜਾਣਹਿ ਸੋਇ ॥੧॥ ਕਿਆ ਕਹੀਐ ਕਿਛੁ ਕਹੀ ਨ ਜਾਇ ॥ ਜੋ ਕਿਛੁ ਅਹੈ ਸਭ ਤੇਰੀ ਰਜਾਇ ॥੧॥ ਰਹਾਉ ॥ ਜੋ ਕਿਛੁ ਕਰਣਾ ਸੁ ਤੇਰੈ ਪਾਸਿ ॥ ਕਿਸੁ ਆਗੈ ਕੀਚੈ ਅਰਦਾਸਿ ॥੨॥ ਆਖਣੁ ਸੁਨਣਾ ਤੇਰੀ ਬਾਣੀ ॥ ਤੂ ਆਪੇ ਜਾਣਹਿ ਸਰਬ ਵਿਡਾਣੀ ॥੩॥ ਕਰੇ ਕਰਾਏ ਜਾਣੈ ਆਪਿ ॥ ਨਾਨਕ ਦੇਖੈ ਥਾਪਿ ਉਥਾਪਿ ॥੪॥੧॥

ੴ ਸਤਿਗੁਰ ਪ੍ਰਸਾਦਿ ॥

ਰਾਗੁ ਭੈਰਉ ਮਹਲਾ ੧ ਘਰੁ ੨ ॥ ਗੁਰ ਕੈ ਸਬਦਿ ਤਰੇ ਮੁਨਿ ਕੇਤੇ ਇੰਦ੍ਰਾਦਿਕ ਬ੍ਰਹਮਾਦਿ ਤਰੇ ॥ ਸਨਕ ਸਨੰਦਨ ਤਪਸੀ ਜਨ ਕੇਤੇ ਗੁਰ ਪਰਸਾਦੀ ਪਾਰਿ ਪਰੇ ॥੧॥ ਭਵਜਲੁ ਬਿਨੁ ਸਬਦੈ ਕਿਉ ਤਰੀਐ ॥ ਨਾਮ ਬਿਨਾ ਜਗੁ ਰੋਗਿ ਬਿਆਪਿਆ ਦੁਬਿਧਾ ਡੁਬਿ ਡੁਬਿ ਮਰੀਐ ॥੧॥ ਰਹਾਉ ॥ ਗੁਰੁ ਦੇਵਾ ਗੁਰੁ ਅਲਖ ਅਭੇਵਾ ਤ੍ਰਿਭਵਣ ਸੋਝੀ ਗੁਰ ਕੀ ਸੇਵਾ ॥ ਆਪੇ ਦਾਤਿ ਕਰੀ ਗੁਰਿ ਦਾਤੈ ਪਾਇਆ ਅਲਖ ਅਭੇਵਾ ॥੨॥ ਮਨੁ ਰਾਜਾ ਮਨੁ ਮਨ ਤੇ ਮਾਨਿਆ ਮਨਸਾ ਮਨਹਿ ਸਮਾਈ ॥ ਮਨੁ ਜੋਗੀ ਮਨੁ ਬਿਨਸਿ ਬਿਓਗੀ ਮਨੁ ਸਮਝੈ ਗੁਣ ਗਾਈ ॥੩॥ ਗੁਰ ਤੇ ਮਨੁ ਮਾਰਿਆ ਸਬਦੁ ਵੀਚਾਰਿਆ ਤੇ ਵਿਰਲੇ ਸੰਸਾਰਾ ॥ ਨਾਨਕ ਸਾਹਿਬੁ ਭਰਿਪੁਰਿ ਲੀਣਾ ਸਾਚ ਸਬਦਿ ਨਿਸਤਾਰਾ ॥੪॥੧॥੨॥ ਭੈਰਉ ਮਹਲਾ ੧ ॥ ਨੈਨੀ ਦ੍ਰਿਸਟਿ ਨਹੀ ਤਨੁ ਹੀਨਾ ਜਰਿ ਜੀਤਿਆ ਸਿਰਿ ਕਾਲੋ ॥੧॥ ਰੂਪੁ ਰੰਗੁ ਰਹਸੁ ਨਹੀ ਸਾਚਾ ਕਿਉ ਛੋਡੈ ਜਮ ਜਾਲੋ ॥੧॥ ਪ੍ਰਾਣੀ ਹਰਿ ਜਪਿ ਜਨਮੁ ਗਇਓ ॥ ਸਾਚ ਸਬਦ ਬਿਨੁ ਕਬਹੁ ਨ ਛੂਟਸਿ ਬਿਰਥਾ ਜਨਮੁ

ਭਇਓ ॥੧॥ ਰਹਾਉ ॥ ਤਨ ਮਹਿ ਕਾਮੁ ਕ੍ਰੋਧੁ ਹਉ ਮਮਤਾ ਕਠਿਨ ਪੀਰ ਅਤਿ ਭਾਰੀ ॥ ਗੁਰਮੁਖਿ ਰਾਮ ਜਪਹੁ ਰਸੁ ਰਸਨਾ ਇਨ ਬਿਧਿ ਤਰੁ ਤੂ ਤਾਰੀ ॥੨॥ ਬਹਰੇ ਕਰਨ ਅਕਲਿ ਭਈ ਹੋਛੀ ਸਬਦ ਸਹਜੁ ਨਹੀ ਬੂਝਿਆ ॥ ਜਨਮੁ ਪਦਾਰਥੁ ਮਨਮੁਖਿ ਹਾਰਿਆ ਬਿਨੁ ਗੁਰ ਅੰਧੁ ਨ ਸੂਝਿਆ ॥੩॥ ਰਹੈ ਉਦਾਸੁ ਆਸ ਨਿਰਾਸਾ ਸਹਜ ਧਿਆਨਿ ਬੈਰਾਗੀ ॥ ਪ੍ਰਣਵਤਿ ਨਾਨਕ ਗੁਰਮੁਖਿ ਛੂਟਸਿ ਰਾਮ ਨਾਮਿ ਲਿਵ ਲਾਗੀ ॥੪॥੨॥੩॥ ਭੈਰਉ ਮਹਲਾ ੧ ॥ ਭੂੰਡੀ ਚਾਲ ਚਰਣ ਕਰ ਖਿਸਰੇ ਤੁਚਾ ਦੇਹ ਕੁਮਲਾਨੀ ॥ ਨੇਤ੍ਰੀ ਧੁੰਧਿ ਕਰਨ ਭਏ ਬਹਰੇ ਮਨਮੁਖਿ ਨਾਮੁ ਨ ਜਾਨੀ ॥੧॥ ਅੰਧੁਲੇ ਕਿਆ ਪਾਇਆ ਜਗਿ ਆਇ ॥ ਰਾਮੁ ਰਿਦੈ ਨਹੀ ਗੁਰ ਕੀ ਸੇਵਾ ਚਾਲੇ ਮੂਲੁ ਗਵਾਇ ॥੧॥ ਰਹਾਉ ॥ ਜਿਹਵਾ ਰੰਗਿ ਨਹੀ ਹਰਿ ਰਾਤੀ ਜਬ ਬੋਲੈ ਤਬ ਫੀਕੇ ॥ ਸੰਤ ਜਨਾ ਕੀ ਨਿੰਦਾ ਵਿਆਪਸਿ ਪਸੂ ਭਏ ਕਦੇ ਹੋਹਿ ਨ ਨੀਕੇ ॥੨॥ ਅੰਮ੍ਰਿਤ ਕਾ ਰਸੁ ਵਿਰਲੀ ਪਾਇਆ ਸਤਿਗੁਰ ਮੇਲਿ ਮਿਲਾਏ ॥ ਜਬ ਲਗੁ ਸਬਦ ਭੇਦੁ ਨਹੀ ਆਇਆ ਤਬ ਲਗੁ ਕਾਲੁ ਸੰਤਾਏ ॥੩॥ ਅਨ ਕੋ ਦਰੁ ਘਰੁ ਕਬਹੂ ਨ ਜਾਨਸਿ ਏਕੋ ਦਰੁ ਸਚਿਆਰਾ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਨਾਨਕੁ ਕਹੈ ਵਿਚਾਰਾ ॥੪॥੩॥੪॥ ਭੈਰਉ ਮਹਲਾ ੧ ॥ ਸਗਲੀ ਰੈਣਿ ਸੋਵਤ ਗਲਿ ਫਾਹੀ ਦਿਨਸੁ ਜੰਜਾਲਿ ਗਵਾਇਆ ॥ ਖਿਨੁ ਪਲੁ ਘੜੀ ਨਹੀ ਪ੍ਰਭੁ ਜਾਨਿਆ ਜਿਨਿ ਇਹੁ ਜਗਤੁ ਉਪਾਇਆ ॥੧॥ ਮਨ ਰੇ ਕਿਉ ਛੂਟਸਿ ਦੁਖੁ ਭਾਰੀ ॥ ਕਿਆ ਲੇ ਆਵਸਿ ਕਿਆ ਲੇ ਜਾਵਸਿ ਰਾਮ ਜਪਹੁ ਗੁਣਕਾਰੀ ॥੧॥ ਰਹਾਉ ॥ ਊਂਧਉ ਕਵਲੁ ਮਨਮੁਖ ਮਤਿ ਹੋਛੀ ਮਨਿ ਅੰਧੈ ਸਿਰਿ ਧੰਧਾ ॥ ਕਾਲੁ ਬਿਕਾਲੁ ਸਦਾ ਸਿਰਿ ਤੇਰੈ ਬਿਨੁ ਨਾਵੈ ਗਲਿ ਫੰਧਾ ॥੨॥ ਡਗਰੀ ਚਾਲ ਨੇਤ੍ਰ ਫੁਨਿ ਅੰਧੁਲੇ ਸਬਦ ਸੁਰਤਿ ਨਹੀ ਭਾਈ ॥ ਸਾਸਤ੍ਰ ਬੇਦ ਤ੍ਰੈ ਗੁਣ ਹੈ ਮਾਇਆ ਅੰਧੁਲਉ ਧੰਧੁ ਕਮਾਈ ॥੩॥ ਖੋਇਓ ਮੂਲੁ ਲਾਭੁ ਕਹ ਪਾਵਸਿ ਦੁਰਮਤਿ ਗਿਆਨ ਵਿਹੂਣੇ ॥ ਸਬਦੁ ਬੀਚਾਰਿ ਰਾਮ ਰਸੁ ਚਾਖਿਆ ਨਾਨਕ ਸਾਚਿ ਪਤੀਣੇ ॥੪॥੪॥੫॥ ਭੈਰਉ ਮਹਲਾ ੧ ॥ ਗੁਰ ਕੈ ਸੰਗਿ ਰਹੈ ਦਿਨੁ ਰਾਤੀ ਰਾਮ ਰਸਨਿ ਰੰਗਿ ਰਾਤਾ ॥ ਅਵਰੁ ਨ ਜਾਣਸਿ ਸਬਦੁ ਪਛਾਣਸਿ ਅੰਤਰਿ ਜਾਣਿ ਪਛਾਤਾ ॥੧॥ ਸੋ ਜਨੁ ਐਸਾ ਮੈ ਮਨਿ ਭਾਵੈ ॥ ਆਪੁ ਮਾਰਿ ਅਪਰੰਪਰਿ ਰਾਤਾ ਗੁਰ ਕੀ ਕਾਰ ਕਮਾਵੈ ॥੧॥ ਰਹਾਉ ॥ ਅੰਤਰਿ ਬਾਹਰਿ ਪੁਰਖੁ ਨਿਰੰਜਨੁ ਆਦਿ ਪੁਰਖੁ ਆਦੇਸੋ ॥ ਘਟ ਘਟ ਅੰਤਰਿ ਸਰਬ

ਨਿਰੰਤਰਿ ਰਵਿ ਰਹਿਆ ਸਚੁ ਵੇਸੋ ॥੨॥ ਸਾਚਿ ਰਤੇ ਸਚੁ ਅੰਮ੍ਰਿਤੁ ਜਿਹਵਾ ਮਿਥਿਆ ਮੈਲੁ ਨ ਰਾਈ ॥ ਨਿਰਮਲ ਨਾਮੁ ਅੰਮ੍ਰਿਤ ਰਸੁ ਚਾਖਿਆ ਸਬਦਿ ਰਤੇ ਪਤਿ ਪਾਈ ॥੩॥ ਗੁਣੀ ਗੁਣੀ ਮਿਲਿ ਲਾਹਾ ਪਾਵਸਿ ਗੁਰਮੁਖਿ ਨਾਮਿ ਵਡਾਈ ॥ ਸਗਲੇ ਦੂਖ ਮਿਟਹਿ ਗੁਰ ਸੇਵਾ ਨਾਨਕ ਨਾਮੁ ਸਖਾਈ ॥੪॥੫॥੬॥ ਭੈਰਉ ਮਹਲਾ ੧ ॥ ਹਿਰਦੈ ਨਾਮੁ ਸਰਬ ਧਨੁ ਧਾਰਣੁ ਗੁਰ ਪਰਸਾਦੀ ਪਾਈਐ ॥ ਅਮਰ ਪਦਾਰਥ ਤੇ ਕਿਰਤਾਰਥ ਸਹਜ ਧਿਆਨਿ ਲਿਵ ਲਾਈਐ ॥੧॥ ਮਨ ਰੇ ਰਾਮ ਭਗਤਿ ਚਿਤੁ ਲਾਈਐ ॥ ਗੁਰਮੁਖਿ ਰਾਮ ਨਾਮੁ ਜਪਿ ਹਿਰਦੈ ਸਹਜ ਸੇਤੀ ਘਰਿ ਜਾਈਐ ॥੧॥ ਰਹਾਉ ॥ ਭਰਮੁ ਭੇਦੁ ਭਉ ਕਬਹੁ ਨ ਛੂਟਸਿ ਆਵਤ ਜਾਤ ਨ ਜਾਨੀ ॥ ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵਸਿ ਡੂਬਿ ਮੁਏ ਬਿਨੁ ਪਾਨੀ ॥੨॥ ਧੰਧਾ ਕਰਤ ਸਗਲੀ ਪਤਿ ਖੋਵਸਿ ਭਰਮੁ ਨ ਮਿਟਸਿ ਗਵਾਰਾ ॥ ਬਿਨੁ ਗੁਰ ਸਬਦ ਮੁਕਤਿ ਨਹੀ ਕਬ ਹੀ ਅਧੁੰਲੇ ਧੰਧੁ ਪਸਾਰਾ ॥੩॥ ਅਕੁਲ ਨਿਰੰਜਨ ਸਿਉ ਮਨੁ ਮਾਨਿਆ ਮਨ ਹੀ ਤੇ ਮਨੁ ਮੂਆ ॥ ਅੰਤਰਿ ਬਾਹਰਿ ਏਕੋ ਜਾਨਿਆ ਨਾਨਕ ਅਵਰੁ ਨ ਦੂਆ ॥੪॥੬॥੭॥ ਭੈਰਉ ਮਹਲਾ ੧ ॥ ਜਗਨ ਹੋਮ ਪੁੰਨ ਤਪ ਪੂਜਾ ਦੇਹ ਦੁਖੀ ਨਿਤ ਦੂਖ ਸਹੈ ॥ ਰਾਮ ਨਾਮ ਬਿਨੁ ਮੁਕਤਿ ਨ ਪਾਵਸਿ ਮੁਕਤਿ ਨਾਮਿ ਗੁਰਮੁਖਿ ਲਹੈ ॥੧॥ ਰਾਮ ਨਾਮ ਬਿਨੁ ਬਿਰਥੇ ਜਗਿ ਜਨਮਾ ॥ ਬਿਖੁ ਖਾਵੈ ਬਿਖੁ ਬੋਲੀ ਬੋਲੈ ਬਿਨੁ ਨਾਵੈ ਨਿਹਫਲੁ ਮਰਿ ਭ੍ਰਮਨਾ ॥੧॥ ਰਹਾਉ ॥ ਪੁਸਤਕ ਪਾਠ ਬਿਆਕਰਣ ਵਖਾਣੈ ਸੰਧਿਆ ਕਰਮ ਤਿਕਾਲ ਕਰੈ ॥ ਬਿਨੁ ਗੁਰ ਸਬਦ ਮੁਕਤਿ ਕਹਾ ਪ੍ਰਾਣੀ ਰਾਮ ਨਾਮ ਬਿਨੁ ਉਰਝਿ ਮਰੈ ॥੨॥ ਡੰਡ ਕਮੰਡਲ ਸਿਖਾ ਸੂਤੁ ਧੋਤੀ ਤੀਰਥਿ ਗਵਨੁ ਅਤਿ ਭ੍ਰਮਨੁ ਕਰੈ ॥ ਰਾਮ ਨਾਮ ਬਿਨੁ ਸਾਂਤਿ ਨ ਆਵੈ ਜਪਿ ਹਰਿ ਹਰਿ ਨਾਮੁ ਸੁ ਪਾਰਿ ਪਰੈ ॥੩॥ ਜਟਾ ਮੁਕਟੁ ਤਨਿ ਭਸਮ ਲਗਾਈ ਬਸਤ੍ਰ ਛੋਡਿ ਤਨਿ ਨਗਨੁ ਭਇਆ ॥ ਰਾਮ ਨਾਮ ਬਿਨੁ ਤ੍ਰਿਪਤਿ ਨ ਆਵੈ ਕਿਰਤ ਕੈ ਬਾਂਧੈ ਭੇਖੁ ਭਇਆ ॥੪॥ ਜੇਤੇ ਜੀਅ ਜੰਤ ਜਲਿ ਥਲਿ ਮਹੀਅਲਿ ਜਤ੍ਰ ਕਤ੍ਰ ਤੂ ਸਰਬ ਜੀਆ ॥ ਗੁਰ ਪਰਸਾਦਿ ਰਾਖਿ ਲੇ ਜਨ ਕਉ ਹਰਿ ਰਸੁ ਨਾਨਕ ਝੋਲਿ ਪੀਆ ॥੫॥੭॥੮॥

ਅੰਗ 1127 ਤੋਂ ਰਾਗੁ ਭੈਰਉ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1133 ਤੱਕ ਹੈ।

ਅੰਗ 1133 ਤੋਂ ਰਾਗੁ ਭੈਰਉ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1135 ਤੱਕ ਹੈ।

ਅੰਗ 1136 ਤੋਂ ਭੈਰਉ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1153 ਰਾਗੁ ਭੈਰਉ ਮਹਲਾ ੫ ਪੜਤਾਲ ਘਰੁ ੩ ਤੱਕ ਦਰਜ ਹੈ।

ਭੈਰਉ ਅਸਟਪਦੀਆ ਮਹਲਾ ੧

ਅੰਗ 1153 'ਤੇ ਭੈਰਉ ਅਸਟਪਦੀਆ ਮਹਲਾ ੧ ਬਾਣੀ ਦਰਜ ਹੈ।

ਭੈਰਉ ਅਸਟਪਦੀਆ ਮਹਲਾ ੧ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਆਤਮ ਮਹਿ ਰਾਮੁ ਰਾਮ ਮਹਿ ਆਤਮੁ ਚੀਨਸਿ ਗੁਰ ਬੀਚਾਰਾ ॥ ਅੰਮ੍ਰਿਤ ਬਾਣੀ ਸਬਦਿ ਪਛਾਣੀ ਦੁਖ ਕਾਟੈ ਹਉ ਮਾਰਾ ॥੧॥ ਨਾਨਕ ਹਉਮੈ ਰੋਗ ਬੁਰੇ ॥ ਜਹ ਦੇਖਾਂ ਤਹ ਏਕਾ ਬੇਦਨ ਆਪੇ ਬਖਸੈ ਸਬਦਿ ਧੁਰੇ ॥੧॥ ਰਹਾਉ ॥ ਆਪੇ ਪਰਖੇ ਪਰਖਣਹਾਰੈ ਬਹੁਰਿ ਸੂਲਾਕੁ ਨ ਹੋਈ ॥ ਜਿਨ ਕਉ ਨਦਰਿ ਭਈ ਗੁਰਿ ਮੇਲੇ ਪ੍ਰਭ ਭਾਣਾ ਸਚੁ ਸੋਈ ॥੨॥ ਪਉਣੁ ਪਾਣੀ ਬੈਸੰਤਰੁ ਰੋਗੀ ਰੋਗੀ ਧਰਤਿ ਸਭੋਗੀ ॥ ਮਾਤ ਪਿਤਾ ਮਾਇਆ ਦੇਹ ਸਿ ਰੋਗੀ ਰੋਗੀ ਕੁਟੰਬ ਸੰਜੋਗੀ ॥੩॥ ਰੋਗੀ ਬ੍ਰਹਮਾ ਬਿਸਨੁ ਸਰੁਦ੍ਰਾ ਰੋਗੀ ਸਗਲ ਸੰਸਾਰਾ ॥

ਹਰਿ ਪਦੁ ਚੀਨਿ ਭਏ ਸੇ ਮੁਕਤੇ ਗੁਰ ਕਾ ਸਬਦੁ ਵੀਚਾਰਾ ॥੪॥ ਰੋਗੀ ਸਾਤ ਸਮੁੰਦ ਸਨਦੀਆ ਖੰਡ ਪਤਾਲਿ ਸਿ ਰੋਗਿ ਭਰੇ ॥ ਹਰਿ ਕੇ ਲੋਕ ਸਿ ਸਾਚਿ ਸੁਹੇਲੇ ਸਰਬੀ ਥਾਈ ਨਦਰਿ ਕਰੇ ॥੫॥ ਰੋਗੀ ਖਟ ਦਰਸਨ ਭੇਖਧਾਰੀ ਨਾਨਾ ਹਠੀ ਅਨੇਕਾ ॥ ਬੇਦ ਕਤੇਬ ਕਰਹਿ ਕਹ ਬਪੁਰੇ ਨਹ ਬੂਝਹਿ ਇਕ ਏਕਾ ॥੬॥ ਮਿਠ ਰਸੁ ਖਾਇ ਸੁ ਰੋਗਿ ਭਰੀਜੈ ਕੰਦ ਮੂਲਿ ਸੁਖੁ ਨਾਹੀ ॥ ਨਾਮੁ ਵਿਸਾਰਿ ਚਲਹਿ ਅਨ ਮਾਰਗਿ ਅੰਤ ਕਾਲਿ ਪਛੁਤਾਹੀ ॥੭॥ ਤੀਰਥਿ ਭਰਮੈ ਰੋਗੁ ਨ ਛੂਟਸਿ ਪੜਿਆ ਬਾਦੁ ਬਿਬਾਦੁ ਭਇਆ ॥ ਦੁਬਿਧਾ ਰੋਗੁ ਸੁ ਅਧਿਕ ਵਡੇਰਾ ਮਾਇਆ ਕਾ ਮੁਹਤਾਜੁ ਭਇਆ ॥੮॥ ਗੁਰਮੁਖਿ ਸਾਚਾ ਸਬਦਿ ਸਲਾਹੈ ਮਨਿ ਸਾਚਾ ਤਿਸੁ ਰੋਗੁ ਗਇਆ ॥ ਨਾਨਕ ਹਰਿ ਜਨ ਅਨਦਿਨੁ ਨਿਰਮਲ ਜਿਨ ਕਉ ਕਰਮਿ ਨੀਸਾਣੁ ਪਇਆ ॥੯॥੧॥

ਅੰਗ 1154 ਤੋਂ ਭੈਰਉ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1155 ਤੱਕ ਹੈ।

ਅੰਗ 1555 ਤੋਂ ਭੈਰਉ ਮਹਲਾ ੫ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1157 ਤੱਕ ਹੈ।

ਅੰਗ 1157 ਤੋਂ ਭੈਰਉ ਬਾਣੀ ਭਗਤਾਂ ਕੀ ਸ਼ੁਰੂ ਹੋ ਜਾਂਦੀ ਹੈ ਜੋ ਅੰਗ 1167 ਤੱਕ ਹੈ।

ਇਸ ਬਾਣੀ ਵਿਚ ਭੈਰਉ ਕਬੀਰ ਜੀਉ ਕੀ ਬਾਣੀ, ਭੈਰਉ ਬਾਣੀ ਨਾਮਦੇਉ ਜੀਉ ਕੀ, ਭੈਰਉ ਬਾਣੀ ਰਵਿਦਾਸ ਜੀਉ ਕੀ, ਭੈਰਉ ਬਾਣੀ ਰਵਿਦਾਸ ਜੀਉ ਕੀ ਦਰਜ ਹੈ।

ਰਾਗੁ ਬਸੰਤੁ ਮਹਲਾ

ਅੰਗ 1168 ਤੋਂ ਰਾਗੁ ਬਸੰਤੁ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1170 ਤੱਕ ਹੈ। ਇਸ ਰਾਗ ਵਿਚ ਪਹਿਲੇ ਪਾਤਸ਼ਾਹ ਅਤੇ ਤੀਜੇ ਪਾਤਸ਼ਾਹ ਦੀ ਬਾਣੀ ਸਾਂਝੀ ਵਾਰਤਾ ਵਿਚ ਦਰਜ ਹੈ।

ਰਾਗੁ ਬਸੰਤੁ ਮਹਲਾ ੧ ਘਰੁ ੧ ਚਉਪਦੇ ਦੁਤੁਕੇ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਮਾਹਾ ਮਾਹ ਮੁਮਾਰਖੀ ਚੜਿਆ ਸਦਾ ਬਸੰਤੁ ॥ ਪਰਫੜੁ ਚਿਤ ਸਮਾਲਿ ਸੋਇ ਸਦਾ ਸਦਾ ਗੋਬਿੰਦੁ ॥੧॥ ਭੋਲਿਆ ਹਉਮੈ ਸੁਰਤਿ ਵਿਸਾਰਿ ॥ ਹਉਮੈ ਮਾਰਿ ਬੀਚਾਰਿ ਮਨ ਗੁਣ ਵਿਚਿ ਗੁਣੁ ਲੈ ਸਾਰਿ ॥੧॥ ਰਹਾਉ ॥ ਕਰਮ ਪੇਡੁ ਸਾਖਾ ਹਰੀ ਧਰਮੁ ਫੁਲੁ ਫਲੁ ਗਿਆਨੁ ॥ ਪਤ ਪਰਾਪਤਿ ਛਾਵ ਘਣੀ ਚੂਕਾ ਮਨ ਅਭਿਮਾਨੁ ॥੨॥ ਅਖੀ ਕੁਦਰਤਿ ਕੰਨੀ ਬਾਣੀ ਮੁਖਿ ਆਖਣੁ ਸਚੁ ਨਾਮੁ ॥ ਪਤਿ ਕਾ ਧਨੁ ਪੂਰਾ ਹੋਆ ਲਾਗਾ ਸਹਜਿ ਧਿਆਨੁ ॥੩॥ ਮਾਹਾ ਰੁਤੀ ਆਵਣਾ ਵੇਖਹੁ ਕਰਮ ਕਮਾਇ ॥ ਨਾਨਕ ਹਰੇ ਨ ਸੂਕਹੀ ਜਿ ਗੁਰਮੁਖਿ ਰਹੇ ਸਮਾਇ ॥੪॥੧॥ ਮਹਲਾ ੧ ਬਸੰਤੁ ॥ ਰੁਤਿ ਆਈਲੇ ਸਰਸ ਬਸੰਤ ਮਾਹਿ ॥ ਰੰਗਿ ਰਾਤੇ ਰਵਹਿ ਸਿ ਤੇਰੈ ਚਾਇ ॥

ਕਿਸੁ ਪੂਜ ਚੜਾਵਉ ਲਗਉ ਪਾਇ ॥੧॥ ਤੇਰਾ ਦਾਸਨਿ ਦਾਸਾ ਕਹਉ ਰਾਇ ॥ ਜਗਜੀਵਨ ਜੁਗਤਿ ਨ ਮਿਲੈ ਕਾਇ ॥੧॥ ਰਹਾਉ ॥ ਤੇਰੀ ਮੂਰਤਿ ਏਕਾ ਬਹੁਤੁ ਰੂਪ ॥ ਕਿਸੁ ਪੂਜ ਚੜਾਵਉ ਦੇਉ ਧੂਪ ॥ ਤੇਰਾ ਅੰਤੁ ਨ ਪਾਇਆ ਕਹਾ ਪਾਇ ॥ ਤੇਰਾ ਦਾਸਨਿ ਦਾਸਾ ਕਹਉ ਰਾਇ ॥੨॥ ਤੇਰੇ ਸਠਿ ਸੰਬਤ ਸਭਿ ਤੀਰਥਾ ॥ ਤੇਰਾ ਸਚੁ ਨਾਮੁ ਪਰਮੇਸਰਾ ॥ ਤੇਰੀ ਗਤਿ ਅਵਿਗਤਿ ਨਹੀ ਜਾਣੀਐ ॥ ਅਣਜਾਣਤ ਨਾਮੁ ਵਖਾਣੀਐ ॥੩॥ ਨਾਨਕੁ ਵੇਚਾਰਾ ਕਿਆ ਕਹੈ ॥ ਸਭੁ ਲੋਕੁ ਸਲਾਹੇ ਏਕਸੈ ॥ ਸਿਰੁ ਨਾਨਕ ਲੋਕਾ ਪਾਵ ਹੈ ॥ ਬਲਿਹਾਰੀ ਜਾਉ ਜੇਤੇ ਤੇਰੇ ਨਾਵ ਹੈ ॥੪॥੨॥ ਬਸੰਤੁ ਮਹਲਾ ੧ ॥ ਸੁਇਨੇ ਕਾ ਚਉਕਾ ਕੰਚਨ ਕੁਆਰ ॥ ਰੁਪੇ ਕੀਆ ਕਾਰਾ ਬਹੁਤੁ ਬਿਸਥਾਰੁ ॥ ਗੰਗਾ ਕਾ ਉਦਕੁ ਕਰੰਤੇ ਕੀ ਆਗਿ ॥ ਗਰੁੜਾ ਖਾਣਾ ਦੁਧ ਸਿਉ ਗਾਡਿ ॥੧॥ ਰੇ ਮਨ ਲੇਖੈ ਕਬਹੂ ਨ ਪਾਇ ॥ ਜਾਮਿ ਨ ਭੀਜੈ ਸਾਚ ਨਾਇ ॥੧॥ ਰਹਾਉ ॥ ਦਸ ਆਠ ਲੀਖੇ ਹੋਵਹਿ ਪਾਸਿ ॥ ਚਾਰੇ ਬੇਦ ਮੁਖਾਗਰ ਪਾਠਿ ॥ ਪੁਰਬੀ ਨਾਵੈ ਵਰਨਾਂ ਕੀ ਦਾਤਿ ॥ ਵਰਤ ਨੇਮ ਕਰੇ ਦਿਨ ਰਾਤਿ ॥੨॥ ਕਾਜੀ ਮੁਲਾਂ ਹੋਵਹਿ ਸੇਖ ॥ ਜੋਗੀ ਜੰਗਮ ਭਗਵੇ ਭੇਖ ॥ ਕੋ ਗਿਰਹੀ ਕਰਮਾ ਕੀ ਸੰਧਿ ॥ ਬਿਨੁ ਬੂਝੇ ਸਭ ਖੜੀਅਸਿ ਬੰਧਿ ॥੩॥ ਜੇਤੇ ਜੀਅ ਲਿਖੀ ਸਿਰਿ ਕਾਰ ॥ ਕਰਣੀ ਉਪਰਿ ਹੋਵਗਿ ਸਾਰ ॥ ਹੁਕਮੁ ਕਰਹਿ ਮੂਰਖ ਗਾਵਾਰ ॥ ਨਾਨਕ ਸਾਚੇ ਕੇ ਸਿਫਤਿ ਭੰਡਾਰ ॥੪॥੩॥

ਬਸੰਤੁ ਮਹਲਾ ੩ ਤੀਜਾ ॥---

ਬਸੰਤੁ ਮਹਲਾ ੧ ॥ ਸਗਲ ਭਵਨ ਤੇਰੀ ਮਾਇਆ ਮੋਹ ॥ ਮੈ ਅਵਰੁ ਨ ਦੀਸੈ ਸਰਬ ਤੋਹ ॥ ਤੂ ਸੁਰਿ ਨਾਥਾ ਦੇਵਾ ਦੇਵ ॥ ਹਰਿ ਨਾਮੁ ਮਿਲੈ ਗੁਰ ਚਰਨ ਸੇਵ ॥੧॥ ਮੇਰੇ ਸੁੰਦਰ ਗਹਿਰ ਗੰਭੀਰ ਲਾਲ ॥ ਗੁਰਮੁਖਿ ਰਾਮ ਨਾਮ ਗੁਨ ਗਾਏ ਤੂ ਅਪਰੰਪਰੁ ਸਰਬ ਪਾਲ ॥੧॥ ਰਹਾਉ ॥ ਬਿਨੁ ਸਾਧ ਨ ਪਾਈਐ ਹਰਿ ਕਾ ਸੰਗੁ ॥ ਬਿਨੁ ਗੁਰ ਮੈਲ ਮਲੀਨ ਅੰਗੁ ॥ ਬਿਨੁ ਹਰਿ ਨਾਮ ਨ ਸੁਧੁ ਹੋਇ ॥ ਗੁਰ ਸਬਦਿ ਸਲਾਹੇ ਸਾਚੁ ਸੋਇ ॥੨॥ ਜਾ ਕਉ ਤੂ ਰਾਖਹਿ ਰਖਨਹਾਰ ॥ ਸਤਿਗੁਰੂ ਮਿਲਾਵਹਿ ਕਰਹਿ ਸਾਰ ॥ ਬਿਖੁ ਹਉਮੈ ਮਮਤਾ

ਪਰਹਰਾਇ ॥ ਸਭਿ ਦੂਖ ਬਿਨਾਸੇ ਰਾਮ ਰਾਇ ॥੩॥ ਊਤਮ ਗਤਿ ਮਿਤਿ ਹਰਿ ਗੁਨ ਸਰੀਰ ॥ ਗੁਰਮਤਿ ਪ੍ਰਗਟੇ ਰਾਮ ਨਾਮ ਹੀਰ ॥ ਲਿਵ ਲਾਗੀ ਨਾਮਿ ਤਜਿ ਦੂਜਾ ਭਾਉ ॥ ਜਨ ਨਾਨਕ ਹਰਿ ਗੁਰੁ ਗੁਰ ਮਿਲਾਉ ॥੪॥੫॥ ਬਸੰਤੁ ਮਹਲਾ ੧ ॥ ਮੇਰੀ ਸਖੀ ਸਹੇਲੀ ਸੁਨਹੁ ਭਾਇ ॥ ਮੇਰਾ ਪਿਰੁ ਰੀਸਾਲੂ ਸੰਗਿ ਸਾਇ ॥ ਓਹੁ ਅਲਖੁ ਨ ਲਖੀਐ ਕਹਹੁ ਕਾਇ ॥ ਗੁਰਿ ਸੰਗਿ ਦਿਖਾਇਓ ਰਾਮ ਰਾਇ ॥੧॥ ਮਿਲੁ ਸਖੀ ਸਹੇਲੀ ਹਰਿ ਗੁਨ ਬਨੇ ॥ ਹਰਿ ਪ੍ਰਭ ਸੰਗਿ ਖੇਲਹਿ ਵਰ ਕਾਮਨਿ ਗੁਰਮੁਖਿ ਖੋਜਤ ਮਨ ਮਨੇ ॥੧॥ ਰਹਾਉ ॥ ਮਨਮੁਖੀ ਦੁਹਾਗਣਿ ਨਾਹਿ ਭੇਉ ॥ ਓਹੁ ਘਟਿ ਘਟਿ ਰਾਵੈ ਸਰਬ ਪ੍ਰੇਉ ॥ ਗੁਰਮੁਖਿ ਥਿਰੁ ਚੀਨੈ ਸੰਗਿ ਦੇਉ ॥ ਗੁਰਿ ਨਾਮੁ ਦ੍ਰਿੜਾਇਆ ਜਪੁ ਜਪੇਉ ॥੨॥ ਬਿਨੁ ਗੁਰ ਭਗਤਿ ਨ ਭਾਉ ਹੋਇ ॥ ਬਿਨੁ ਗੁਰ ਸੰਤ ਨ ਸੰਗੁ ਦੇਇ ॥ ਬਿਨੁ ਗੁਰ ਅੰਧੁਲੇ ਧੰਧੁ ਰੋਇ ॥ ਮਨੁ ਗੁਰਮੁਖਿ ਨਿਰਮਲੁ ਮਲੁ ਸਬਦਿ ਖੋਇ ॥੩॥ ਗੁਰਿ ਮਨੁ ਮਾਰਿਓ ਕਰਿ ਸੰਜੋਗੁ ॥ ਅਹਿਨਿਸਿ ਰਾਵੇ ਭਗਤਿ ਜੋਗੁ ॥ ਗੁਰ ਸੰਤ ਸਭਾ ਦੁਖ ਮਿਟੈ ਰੋਗੁ ॥ ਜਨ ਨਾਨਕ ਹਰਿ ਵਰੁ ਸਹਜ ਜੋਗੁ ॥੪॥੬॥ ਬਸੰਤੁ ਮਹਲਾ ੧ ॥ ਆਪੇ ਕੁਦਰਤਿ ਕਰੇ ਸਾਜਿ ॥ ਸਚੁ ਆਪਿ ਨਿਬੇੜੇ ਰਾਜੁ ਰਾਜਿ ॥ ਗੁਰਮਤਿ ਊਤਮ ਸੰਗਿ ਸਾਥਿ ॥ ਹਰਿ ਨਾਮੁ ਰਸਾਇਣੁ ਸਹਜਿ ਆਥਿ ॥੧॥ ਮਤ ਬਿਸਰਸਿ ਰੇ ਮਨ ਰਾਮ ਬੋਲਿ ॥ ਅਪਰੰਪਰੁ ਅਗਮ ਅਗੋਚਰੁ ਗੁਰਮੁਖਿ ਹਰਿ ਆਪਿ ਤੁਲਾਏ ਅਤੁਲੁ ਤੋਲਿ ॥੧॥ ਰਹਾਉ ॥ ਗੁਰ ਚਰਨ ਸਰੇਵਹਿ ਗੁਰਸਿਖ ਤੋਰ ॥ ਗੁਰ ਸੇਵ ਤਰੇ ਤਜਿ ਮੇਰ ਤੋਰ ॥ ਨਰ ਨਿੰਦਕ ਲੋਭੀ ਮਨਿ ਕਠੋਰ ॥ ਗੁਰ ਸੇਵ ਨ ਭਾਈ ਸਿ ਚੋਰ ਚੋਰ ॥੨॥ ਗੁਰੁ ਤੁਠਾ ਬਖਸੇ ਭਗਤਿ ਭਾਉ ॥ ਗੁਰਿ ਤੁਠੈ ਪਾਈਐ ਹਰਿ ਮਹਲਿ ਠਾਉ ॥ ਪਰਹਰਿ ਨਿੰਦਾ ਹਰਿ ਭਗਤਿ ਜਾਗੁ ॥ ਹਰਿ ਭਗਤਿ ਸੁਹਾਵੀ ਕਰਮਿ ਭਾਗੁ ॥੩॥ ਗੁਰੁ ਮੇਲਿ ਮਿਲਾਵੈ ਕਰੇ ਦਾਤਿ ॥ ਗੁਰਸਿਖ ਪਿਆਰੇ ਦਿਨਸੁ ਰਾਤਿ ॥ ਫਲੁ ਨਾਮੁ ਪਰਾਪਤਿ ਗੁਰੁ ਤੁਸਿ ਦੇਇ ॥ ਕਹੁ ਨਾਨਕ ਪਾਵਹਿ ਵਿਰਲੇ ਕੇਇ ॥੪॥੭॥

ਬਸੰਤੁ ਮਹਲਾ ੩ ਇਕ ਤੁਕਾ ॥ --

ਮਹਲਾ ੧ ਬਸੰਤੁ ਹਿੰਡੋਲ

ਅੰਗ 1170 ਤੋਂ ਮਹਲਾ ੧ ਬਸੰਤੁ ਹਿੰਡੋਲ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1172 ਤੱਕ ਹੈ।

ਮਹਲਾ ੧ ਬਸੰਤੁ ਹਿੰਡੋਲ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਸਾਲ ਗ੍ਰਾਮ ਬਿਪ ਪੂਜਿ ਮਨਾਵਹੁ ਸੁਕ੍ਰਿਤੁ ਤੁਲਸੀ ਮਾਲਾ ॥ ਰਾਮ ਨਾਮੁ ਜਪਿ ਬੇੜਾ ਬਾਂਧਹੁ ਦਇਆ ਕਰਹੁ ਦਇਆਲਾ ॥੧॥ ਕਾਹੇ ਕਲਰਾ ਸਿੰਚਹੁ ਜਨਮੁ ਗਵਾਵਹੁ ॥ ਕਾਚੀ ਢਹਗਿ ਦਿਵਾਲ ਕਾਹੇ ਗਚੁ ਲਾਵਹੁ ॥੧॥ ਰਹਾਉ ॥ ਕਰ ਹਰਿਹਟ ਮਾਲ ਟਿੰਡ ਪਰੋਵਹੁ ਤਿਸੁ ਭੀਤਰਿ ਮਨੁ ਜੋਵਹੁ ॥ ਅੰਮ੍ਰਿਤੁ ਸਿੰਚਹੁ ਭਰਹੁ ਕਿਆਰੇ ਤਉ ਮਾਲੀ ਕੇ ਹੋਵਹੁ ॥੨॥ ਕਾਮੁ ਕ੍ਰੋਧੁ ਦੁਇ ਕਰਹੁ ਬਸੋਲੇ ਗੋਡਹੁ ਧਰਤੀ ਭਾਈ ॥ ਜਿਉ ਗੋਡਹੁ ਤਿਉ ਤੁਮ੍ ਸੁਖ ਪਾਵਹੁ ਕਿਰਤੁ ਨ ਮੇਟਿਆ ਜਾਈ ॥੩॥ ਬਗੁਲੇ ਤੇ ਫੁਨਿ ਹੰਸੁਲਾ ਹੋਵੈ ਜੇ ਤੂ ਕਰਹਿ ਦਇਆਲਾ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਦਇਆ ਕਰਹੁ ਦਇਆਲਾ ॥੪॥੧॥੯॥ ਬਸੰਤੁ ਮਹਲਾ ੧ ਹਿੰਡੋਲ ॥ ਸਾਹੁਰੜੀ ਵਥੁ ਸਭੁ ਕਿਛੁ ਸਾਝੀ ਪੇਵਕੜੈ ਧਨ ਵਖੇ ॥ ਆਪਿ ਕੁਚਜੀ ਦੋਸੁ ਨ ਦੇਊ ਜਾਣਾ ਨਾਹੀ ਰਖੇ ॥੧॥ ਮੇਰੇ ਸਾਹਿਬਾ ਹਉ ਆਪੇ ਭਰਮਿ ਭੁਲਾਣੀ ॥ ਅਖਰ ਲਿਖੇ ਸੇਈ ਗਾਵਾ ਅਵਰ ਨ ਜਾਣਾ ਬਾਣੀ ॥੧॥ ਰਹਾਉ ॥ ਕਢਿ ਕਸੀਦਾ ਪਹਿਰਹਿ ਚੋਲੀ ਤਾਂ ਤੁਮ੍ ਜਾਣਹੁ ਨਾਰੀ ॥ ਜੇ ਘਰੁ ਰਾਖਹਿ ਬੁਰਾ ਨ ਚਾਖਹਿ ਹੋਵਹਿ ਕੰਤ ਪਿਆਰੀ ॥੨॥ ਜੇ ਤੂੰ ਪੜਿਆ ਪੰਡਿਤੁ ਬੀਨਾ ਦੁਇ ਅਖਰ ਦੁਇ ਨਾਵਾ ॥ ਪ੍ਰਣਵਤਿ ਨਾਨਕੁ ਏਕੁ ਲੰਘਾਏ ਜੇ ਕਰਿ ਸਚਿ ਸਮਾਵਾਂ ॥੩॥੨॥੧੦॥ ਬਸੰਤੁ ਹਿੰਡੋਲ ਮਹਲਾ ੧ ॥ ਰਾਜਾ ਬਾਲਕੁ ਨਗਰੀ ਕਾਚੀ ਦੁਸਟਾ ਨਾਲਿ ਪਿਆਰੋ ॥ ਦੁਇ ਮਾਈ ਦੁਇ ਬਾਪਾ ਪੜੀਅਹਿ ਪੰਡਿਤ ਕਰਹੁ ਬੀਚਾਰੋ ॥੧॥ ਸੁਆਮੀ ਪੰਡਿਤਾ ਤੁਮ੍ ਦੇਹੁ ਮਤੀ ॥ ਕਿਨ ਬਿਧਿ ਪਾਵਉ ਪ੍ਰਾਨਪਤੀ ॥੧॥ ਰਹਾਉ ॥ ਭੀਤਰਿ ਅਗਨਿ ਬਨਾਸਪਤਿ ਮਉਲੀ ਸਾਗਰੁ ਪੰਡੈ ਪਾਇਆ ॥ ਚੰਦੁ ਸੂਰਜੁ ਦੁਇ ਘਰ ਹੀ ਭੀਤਰਿ ਐਸਾ ਗਿਆਨੁ ਨ ਪਾਇਆ ॥੨॥ ਰਾਮ ਰਵੰਤਾ ਜਾਣੀਐ ਇਕ ਮਾਈ ਭੋਗੁ ਕਰੇਇ ॥ ਤਾ ਕੇ ਲਖਣ ਜਾਣੀਅਹਿ

ਖਿਮਾ ਧਨੁ ਸੰਗ੍ਰਹੇਇ ॥੩॥ ਕਹਿਆ ਸੁਣਹਿ ਨ ਖਾਇਆ ਮਾਨਹਿ ਤਿਨ੍ਾ ਹੀ ਸੇਤੀ ਵਾਸਾ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਖਿਨੁ ਤੋਲਾ ਖਿਨੁ ਮਾਸਾ ॥੪॥੩॥੧੧॥ ਬਸੰਤੁ ਹਿੰਡੋਲ ਮਹਲਾ ੧ ॥ ਸਾਚਾ ਸਹੁ ਗੁਰੂ ਸੁਖਦਾਤਾ ਹਰਿ ਮੇਲੇ ਭੁਖ ਗਵਾਏ ॥ ਕਰਿ ਕਿਰਪਾ ਹਰਿ ਭਗਤਿ ਦ੍ਰਿੜਾਏ ਅਨਦਿਨੁ ਹਰਿ ਗੁਣ ਗਾਏ ॥੧॥ ਮਤ ਭੂਲਹਿ ਰੇ ਮਨ ਚੇਤਿ ਹਰੀ ॥ ਬਿਨੁ ਗੁਰ ਮੁਕਤਿ ਨਾਹੀ ਤ੍ਰੈ ਲੋਈ ਗੁਰਮੁਖਿ ਪਾਈਐ ਨਾਮੁ ਹਰੀ ॥੧॥ ਰਹਾਉ ॥ ਬਿਨੁ ਭਗਤੀ ਨਹੀ ਸਤਿਗੁਰੁ ਪਾਈਐ ਬਿਨੁ ਭਾਗਾ ਨਹੀ ਭਗਤਿ ਹਰੀ ॥ ਬਿਨੁ ਭਾਗਾ ਸਤਸੰਗੁ ਨ ਪਾਈਐ ਕਰਮਿ ਮਿਲੈ ਹਰਿ ਨਾਮੁ ਹਰੀ ॥੨॥ ਘਟਿ ਘਟਿ ਗੁਪਤੁ ਉਪਾਏ ਵੇਖੈ ਪਰਗਟੁ ਗੁਰਮੁਖਿ ਸੰਤ ਜਨਾ ॥ ਹਰਿ ਹਰਿ ਕਰਹਿ ਸੁ ਹਰਿ ਰੰਗਿ ਭੀਨੇ ਹਰਿ ਜਲੁ ਅੰਮ੍ਰਿਤ ਨਾਮੁ ਮਨਾ ॥੩॥ ਜਿਨ ਕਉ ਤਖਤਿ ਮਿਲੈ ਵਡਿਆਈ ਗੁਰਮੁਖਿ ਸੇ ਪਰਧਾਨ ਕੀਏ ॥ ਪਾਰਸੁ ਭੇਟਿ ਭਏ ਸੇ ਪਾਰਸ ਨਾਨਕ ਹਰਿ ਗੁਰ ਸੰਗਿ ਥੀਏ ॥੪॥੪॥੧੨॥

ਅੰਗ 1172 ਤੋਂ ਬਸੰਤੁ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1177 ਤੱਕ ਹੈ।

ਅੰਗ 1177 ਤੋਂ ਰਾਗੁ ਬਸੰਤੁ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1179 ਤੱਕ ਹੈ।

ਅੰਗ 1180 ਤੋਂ ਬਸੰਤੁ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1185 ਤੱਕ ਹੈ।

ਅੰਗ 1185 ਤੋਂ ਬਸੰਤੁ ਮਹਲਾ ੫ ਘਰੁ ੨ ਹਿੰਡੋਲ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1186 ਤੱਕ ਹੈ।

ਅੰਗ 1186 ਤੋਂ ਰਾਗੁ ਬਸੰਤੁ ਹਿੰਡੋਲ ਮਹਲਾ ੯ ॥ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1187 ਤੱਕ ਹੈ।

ਬਸੰਤੁ ਮਹਲਾ ੧ ਅਸਟਪਦੀਆ

ਅੰਗ 1187 ਤੋਂ ਬਸੰਤੁ ਮਹਲਾ ੧ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1190 ਤੱਕ ਹੈ।

ਬਸੰਤੁ ਮਹਲਾ ੧ ਅਸਟਪਦੀਆ ਘਰੁ ੧ ਦੁਤੁਕੀਆ ੴ ਸਤਿਗੁਰ ਪ੍ਰਸਾਦਿ ॥

ਜਗੁ ਕਊਆ ਨਾਮੁ ਨਹੀ ਚੀਤਿ ॥ ਨਾਮੁ ਬਿਸਾਰਿ ਗਿਰੈ ਦੇਖੁ ਭੀਤਿ ॥ ਮਨੂਆ ਡੋਲੈ ਚੀਤਿ ਅਨੀਤਿ ॥ ਜਗ ਸਿਉ ਤੂਟੀ ਝੂਠ ਪਰੀਤਿ ॥੧॥ ਕਾਮੁ ਕ੍ਰੋਧੁ ਬਿਖੁ ਬਜਰੁ ਭਾਰੁ ॥ ਨਾਮ ਬਿਨਾ ਕੈਸੇ ਗੁਨ ਚਾਰੁ ॥੧॥ ਰਹਾਉ ॥ ਘਰੁ ਬਾਲੂ ਕਾ ਘੂਮਨ ਘੇਰਿ ॥ ਬਰਖਸਿ ਬਾਣੀ ਬੁਦਬੁਦਾ ਹੇਰਿ ॥ ਮਾਤ੍ਰ ਬੂੰਦ ਤੇ ਧਰਿ ਚਕੁ ਫੇਰਿ ॥ ਸਰਬ ਜੋਤਿ ਨਾਮੈ ਕੀ ਚੇਰਿ ॥੨॥ ਸਰਬ ਉਪਾਇ ਗੁਰੂ ਸਿਰਿ ਮੋਰੁ ॥ ਭਗਤਿ ਕਰਉ ਪਗ ਲਾਗਉ ਤੋਰ ॥ ਨਾਮਿ ਰਤੋ ਚਾਹਉ ਤੁਝ ਓਰੁ ॥ ਨਾਮੁ ਦੁਰਾਇ ਚਲੈ ਸੋ ਚੋਰੁ ॥੩॥ ਪਤਿ ਖੋਈ ਬਿਖੁ ਅੰਚਲਿ ਪਾਇ ॥ ਸਾਚ ਨਾਮਿ ਰਤੋ ਪਤਿ ਸਿਉ ਘਰਿ ਜਾਇ ॥ ਜੋ ਕਿਛੁ ਕੀਨ੍ਹਸਿ ਪ੍ਰਭੁ ਰਜਾਇ ॥ ਭੈ ਮਾਨੈ ਨਿਰਭਉ ਮੇਰੀ ਮਾਇ ॥੪॥ ਕਾਮਨਿ ਚਾਹੈ

ਸੁੰਦਰਿ ਭੋਗੁ ॥ ਪਾਨ ਫੂਲ ਮੀਠੇ ਰਸ ਰੋਗ ॥ ਖੀਲੈ ਬਿਗਸੈ ਤੇਤੋ ਸੋਗ ॥ ਪ੍ਰਭ ਸਰਣਾਗਤਿ ਕੀਨ੍ਹਸਿ ਹੋਗ ॥੫॥ ਕਾਪੜੁ ਪਹਿਰਸਿ ਅਧਿਕੁ ਸੀਗਾਰੁ ॥ ਮਾਟੀ ਫੂਲੀ ਰੂਪੁ ਬਿਕਾਰੁ ॥ ਆਸਾ ਮਨਸਾ ਬਾਂਧੋ ਬਾਰੁ ॥ ਨਾਮ ਬਿਨਾ ਸੂਨਾ ਘਰੁ ਬਾਰੁ ॥੬॥ ਗਾਛਹੁ ਪੁਤ੍ਰੀ ਰਾਜ ਕੁਆਰਿ ॥ ਨਾਮੁ ਭਣਹੁ ਸਚੁ ਦੋਤੁ ਸਵਾਰਿ ॥ ਪ੍ਰਿਉ ਸੇਵਹੁ ਪ੍ਰਭ ਪ੍ਰੇਮ ਅਧਾਰਿ ॥ ਗੁਰ ਸਬਦੀ ਬਿਖੁ ਤਿਆਸ ਨਿਵਾਰਿ ॥੭॥ ਮੋਹਨਿ ਮੋਹਿ ਲੀਆ ਮਨੁ ਮੋਹਿ ॥ ਗੁਰ ਕੈ ਸਬਦਿ ਪਛਾਨਾ ਤੋਹਿ ॥ ਨਾਨਕ ਠਾਢੇ ਚਾਹਹਿ ਪ੍ਰਭੂ ਦੁਆਰਿ ॥ ਤੇਰੇ ਨਾਮਿ ਸੰਤੋਖੇ ਕਿਰਪਾ ਧਾਰਿ ॥੮॥੧॥ ਬਸੰਤੁ ਮਹਲਾ ੧ ॥ ਮਨੁ ਭੂਲਉ ਭਰਮਸਿ ਆਇ ਜਾਇ ॥ ਅਤਿ ਲੁਬਧ ਲੁਭਾਨਉ ਬਿਖਮ ਮਾਇ ॥ ਨਹ ਅਸਥਿਰੁ ਦੀਸੈ ਏਕ ਭਾਇ ॥ ਜਿਉ ਮੀਨ ਕੁੰਡਲੀਆ ਕੰਠਿ ਪਾਇ ॥੧॥ ਮਨੁ ਭੂਲਉ ਸਮਝਸਿ ਸਾਚਿ ਨਾਇ ॥ ਗੁਰ ਸਬਦੁ ਬੀਚਾਰੇ ਸਹਜ ਭਾਇ ॥੧॥ ਰਹਾਉ ॥ ਮਨੁ ਭੂਲਉ ਭਰਮਸਿ ਭਵਰ ਤਾਰ ॥ ਬਿਲ ਬਿਰਥੇ ਚਾਹੈ ਬਹੁ ਬਿਕਾਰ ॥ ਮੈਗਲ ਜਿਉ ਫਾਸਸਿ ਕਾਮਹਾਰ ॥ ਕੜਿ ਬੰਧਨਿ ਬਾਧਿਓ ਸੀਸ ਮਾਰ ॥੨॥ ਮਨੁ ਮੁਗਧੌ ਦਾਦਰੁ ਭਗਤਿਹੀਨੁ ॥ ਦਰਿ ਭ੍ਰਸਟ ਸਰਾਪੀ ਨਾਮ ਬੀਨੁ ॥ ਤਾ ਕੈ ਜਾਤਿ ਨ ਪਾਤੀ ਨਾਮ ਲੀਨ ॥ ਸਭਿ ਦੂਖ ਸਖਾਈ ਗੁਣਹ ਬੀਨ ॥੩॥ ਮਨੁ ਚਲੈ ਨ ਜਾਈ ਠਾਕਿ ਰਾਖੁ ॥ ਬਿਨੁ ਹਰਿ ਰਸ ਰਾਤੇ ਪਤਿ ਨ ਸਾਖੁ ॥ ਤੂ ਆਪੇ ਸੁਰਤਾ ਆਪਿ ਰਾਖੁ ॥ ਧਰਿ ਧਾਰਣ ਦੇਖੈ ਜਾਣੈ ਆਪਿ ॥੪॥ ਆਪਿ ਭੁਲਾਏ ਕਿਸੁ ਕਹਉ ਜਾਇ ॥ ਗੁਰੁ ਮੇਲੇ ਬਿਰਥਾ ਕਹਉ ਮਾਇ ॥ ਅਵਗਣ ਛੋਡਉ ਗੁਣ ਕਮਾਇ ॥ ਗੁਰ ਸਬਦੀ ਰਾਤਾ ਸਚਿ ਸਮਾਇ ॥੫॥ ਸਤਿਗੁਰ ਮਿਲਿਐ ਮਤਿ ਊਤਮ ਹੋਇ ॥ ਮਨੁ ਨਿਰਮਲੁ ਹਉਮੈ ਕਢੈ ਧੋਇ ॥ ਸਦਾ ਮੁਕਤੁ ਬੰਧਿ ਨ ਸਕੈ ਕੋਇ ॥ ਸਦਾ ਨਾਮੁ ਵਖਾਣੈ ਅਉਰੁ ਨ ਕੋਇ ॥੬॥ ਮਨੁ ਹਰਿ ਕੈ ਭਾਣੈ ਆਵੈ ਜਾਇ ॥ ਸਭ ਮਹਿ ਏਕੋ ਕਿਛੁ ਕਹਣੁ ਨ ਜਾਇ ॥ ਸਭੁ ਹੁਕਮੋ ਵਰਤੈ ਹੁਕਮਿ ਸਮਾਇ ॥ ਦੂਖ ਸੂਖ ਸਭ ਤਿਸੁ ਰਜਾਇ ॥੭॥ ਤੂ ਅਭੁਲੁ ਨ ਭੂਲੌ ਕਦੇ ਨਾਹਿ ॥ ਗੁਰ ਸਬਦੁ ਸੁਣਾਏ ਮਤਿ ਅਗਾਹਿ ॥ ਤੂ ਮੋਟਉ ਠਾਕੁਰੁ ਸਬਦ ਮਾਹਿ ॥ ਮਨੁ ਨਾਨਕ ਮਾਨਿਆ ਸਚੁ ਸਲਾਹਿ ॥੮॥੨॥ ਬਸੰਤੁ ਮਹਲਾ ੧ ॥ ਦਰਸਨ ਕੀ ਪਿਆਸ ਜਿਸੁ ਨਰ ਹੋਇ ॥ ਏਕਤੁ ਰਾਚੈ ਪਰਹਰਿ ਦੋਇ ॥ ਦੂਰਿ ਦਰਦੁ ਮਥਿ ਅੰਮ੍ਰਿਤੁ ਖਾਇ ॥ ਗੁਰਮੁਖਿ ਬੂਝੈ ਏਕ ਸਮਾਇ ॥੧॥ ਤੇਰੇ ਦਰਸਨ ਕਉ ਕੇਤੀ ਬਿਲਲਾਇ ॥ ਵਿਰਲਾ ਕੋ ਚੀਨਸਿ

ਗੁਰ ਸਬਦਿ ਮਿਲਾਇ ॥੧॥ ਰਹਾਉ ॥ ਬੇਦ ਵਖਾਨਿ ਕਹਹਿ ਇਕੁ ਕਹੀਐ ॥ ਓਹੁ ਬੇਅੰਤੁ ਅੰਤੁ ਕਿਨਿ ਲਹੀਐ ॥ ਏਕੋ ਕਰਤਾ ਜਿਨਿ ਜਗੁ ਕੀਆ ॥ ਬਾਝੁ ਕਲਾ ਧਰਿ ਗਗਨੁ ਧਰੀਆ ॥੨॥ ਏਕੋ ਗਿਆਨੁ ਧਿਆਨੁ ਧੁਨਿ ਬਾਣੀ ॥ ਏਕੁ ਨਿਰਾਲਮੁ ਅਕਥ ਕਹਾਣੀ ॥ ਏਕੋ ਸਬਦੁ ਸਚਾ ਨੀਸਾਣੁ ॥ ਪੂਰੇ ਗੁਰ ਤੇ ਜਾਣੈ ਜਾਣੁ ॥੩॥ ਏਕੋ ਧਰਮੁ ਦ੍ਰਿੜੈ ਸਚੁ ਕੋਈ ॥ ਗੁਰਮਤਿ ਪੂਰਾ ਜੁਗਿ ਜੁਗਿ ਸੋਈ ॥ ਅਨਹਦਿ ਰਾਤਾ ਏਕ ਲਿਵ ਤਾਰ ॥ ਓਹੁ ਗੁਰਮੁਖਿ ਪਾਵੈ ਅਲਖ ਅਪਾਰ ॥੪॥ ਏਕੋ ਤਖਤੁ ਏਕੋ ਪਾਤਿਸਾਹੁ ॥ ਸਰਬੀ ਥਾਈ ਵੇਪਰਵਾਹੁ ॥ ਤਿਸ ਕਾ ਕੀਆ ਤ੍ਰਿਭਵਣ ਸਾਰੁ ॥ ਓਹੁ ਅਗਮੁ ਅਗੋਚਰੁ ਏਕੰਕਾਰੁ ॥੫॥ ਏਕਾ ਮੂਰਤਿ ਸਾਚਾ ਨਾਉ ॥ ਤਿਥੈ ਨਿਬੜੈ ਸਾਚੁ ਨਿਆਉ ॥ ਸਾਚੀ ਕਰਣੀ ਪਤਿ ਪਰਵਾਣੁ ॥ ਸਾਚੀ ਦਰਗਹ ਪਾਵੈ ਮਾਣੁ ॥੬॥ ਏਕਾ ਭਗਤਿ ਏਕੋ ਹੈ ਭਾਉ ॥ ਬਿਨੁ ਭੈ ਭਗਤੀ ਆਵਉ ਜਾਉ ॥ ਗੁਰ ਤੇ ਸਮਝਿ ਰਹੈ ਮਿਹਮਾਣੁ ॥ ਹਰਿ ਰਸਿ ਰਾਤਾ ਜਨੁ ਪਰਵਾਣੁ ॥੭॥ ਇਤ ਉਤ ਦੇਖਉ ਸਹਜੇ ਰਾਵਉ ॥ ਤੁਝ ਬਿਨੁ ਠਾਕੁਰ ਕਿਸੈ ਨ ਭਾਵਉ ॥ ਨਾਨਕ ਹਉਮੈ ਸਬਦਿ ਜਲਾਇਆ ॥ ਸਤਿਗੁਰਿ ਸਾਚਾ ਦਰਸੁ ਦਿਖਾਇਆ ॥੮॥੩॥ ਬਸੰਤੁ ਮਹਲਾ ੧ ॥ ਚੰਚਲੁ ਚੀਤੁ ਨ ਪਾਵੈ ਪਾਰਾ ॥ ਆਵਤ ਜਾਤ ਨ ਲਾਗੈ ਬਾਰਾ ॥ ਦੂਖੁ ਘਣੋ ਮਰੀਐ ਕਰਤਾਰਾ ॥ ਬਿਨੁ ਪ੍ਰੀਤਮ ਕੋ ਕਰੈ ਨ ਸਾਰਾ ॥੧॥ ਸਭ ਊਤਮ ਕਿਸੁ ਆਖਉ ਹੀਨਾ ॥ ਹਰਿ ਭਗਤੀ ਸਚਿ ਨਾਮਿ ਪਤੀਨਾ ॥੧॥ ਰਹਾਉ ॥ ਅਉਖਧ ਕਰਿ ਥਾਕੀ ਬਹੁਤੇਰੇ ॥ ਕਿਉ ਦੁਖੁ ਚੂਕੈ ਬਿਨੁ ਗੁਰ ਮੇਰੇ ॥ ਬਿਨੁ ਹਰਿ ਭਗਤੀ ਦੂਖ ਘਣੇਰੇ ॥ ਦੁਖ ਸੁਖ ਦਾਤੇ ਠਾਕੁਰ ਮੇਰੇ ॥੨॥ ਰੋਗੁ ਵਡੋ ਕਿਉ ਬਾਂਧਉ ਧੀਰਾ ॥ ਰੋਗੁ ਬੁਝੈ ਸੋ ਕਾਟੈ ਪੀਰਾ ॥ ਮੈ ਅਵਗਣ ਮਨ ਮਾਹਿ ਸਰੀਰਾ ॥ ਢੂਢਤ ਖੋਜਤ ਗੁਰਿ ਮੇਲੇ ਬੀਰਾ ॥੩॥ ਗੁਰ ਕਾ ਸਬਦੁ ਦਾਰੂ ਹਰਿ ਨਾਉ ॥ ਜਿਉ ਤੂ ਰਾਖਹਿ ਤਿਵੈ ਰਹਾਉ ॥ ਜਗੁ ਰੋਗੀ ਕਹ ਦੇਖਿ ਦਿਖਾਉ ॥ ਹਰਿ ਨਿਰਮਾਇਲੁ ਨਿਰਮਲੁ ਨਾਉ ॥੪॥ ਘਰ ਮਹਿ ਘਰੁ ਜੋ ਦੇਖਿ ਦਿਖਾਵੈ ॥ ਗੁਰ ਮਹਲੀ ਸੋ ਮਹਲਿ ਬੁਲਾਵੈ ॥ ਮਨ ਮਹਿ ਮਨੂਆ ਚਿਤ ਮਹਿ ਚੀਤਾ ॥ ਐਸੇ ਹਰਿ ਕੇ ਲੋਗ ਅਤੀਤਾ ॥੫॥ ਹਰਖ ਸੋਗ ਤੇ ਰਹਹਿ ਨਿਰਾਸਾ ॥ ਅੰਮ੍ਰਿਤੁ ਚਾਖਿ ਹਰਿ ਨਾਮਿ ਨਿਵਾਸਾ ॥ ਆਪੁ ਪਛਾਣਿ ਰਹੈ ਲਿਵ ਲਾਗਾ ॥ ਜਨਮੁ ਜੀਤਿ ਗੁਰਮਤਿ ਦੁਖੁ ਭਾਗਾ ॥੬॥ ਗੁਰਿ ਦੀਆ ਸਚੁ ਅੰਮ੍ਰਿਤੁ ਪੀਵਉ ॥ ਸਹਜਿ ਮਰਉ ਜੀਵਤ ਹੀ ਜੀਵਉ ॥ ਅਪਣੋ ਕਰਿ ਰਾਖਹੁ

ਗੁਰ ਭਾਵੈ ॥ ਤੁਮਰੋ ਹੋਇ ਸੁ ਤੁਝਹਿ ਸਮਾਵੈ ॥੭॥ ਭੋਗੀ ਕਉ ਦੁਖੁ ਰੋਗ ਵਿਆਪੈ ॥ ਘਟਿ ਘਟਿ ਰਵਿ ਰਹਿਆ ਪ੍ਰਭੁ ਜਾਪੈ ॥ ਸੁਖ ਦੁਖ ਹੀ ਤੇ ਗੁਰ ਸਬਦਿ ਅਤੀਤਾ ॥ ਨਾਨਕ ਰਾਮੁ ਰਵੈ ਹਿਤ ਚੀਤਾ ॥੮॥੪॥ ਬਸੰਤੁ ਮਹਲਾ ੧ ਇਕ ਤੁਕੀਆ ॥ ਮਤੁ ਭਸਮ ਅੰਧੂਲੇ ਗਰਬਿ ਜਾਹਿ ॥ ਇਨ ਬਿਧਿ ਨਾਗੇ ਜੋਗੁ ਨਾਹਿ ॥੧॥ ਮੂੜ੍ੇ ਕਾਹੇ ਬਿਸਾਰਿਓ ਤੈ ਰਾਮ ਨਾਮ ॥ ਅੰਤ ਕਾਲਿ ਤੇਰੈ ਆਵੈ ਕਾਮ ॥੧॥ ਰਹਾਉ ॥ ਗੁਰ ਪੂਛਿ ਤੁਮ ਕਰਹੁ ਬੀਚਾਰੁ ॥ ਜਹ ਦੇਖਉ ਤਹ ਸਾਰਿਗਪਾਨਿ ॥੨॥ ਕਿਆ ਹਉ ਆਖਾ ਜਾਂ ਕਛੂ ਨਾਹਿ ॥ ਜਾਤਿ ਪਤਿ ਸਭ ਤੇਰੈ ਨਾਇ ॥੩॥ ਕਾਹੇ ਮਾਲੁ ਦਰਬੁ ਦੇਖਿ ਗਰਬਿ ਜਾਹਿ ॥ ਚਲਤੀ ਬਾਰ ਤੇਰੋ ਕਛੂ ਨਾਹਿ ॥੪॥ ਪੰਚ ਮਾਰਿ ਚਿਤੁ ਰਖਹੁ ਥਾਇ ॥ ਜੋਗ ਜੁਗਤਿ ਕੀ ਇਹੈ ਪਾਂਇ ॥੫॥ ਹਉਮੈ ਪੈਖੜੁ ਤੇਰੇ ਮਨੈ ਮਾਹਿ ॥ ਹਰਿ ਨ ਚੇਤਹਿ ਮੂੜੇ ਮੁਕਤਿ ਜਾਹਿ ॥੬॥ ਮਤ ਹਰਿ ਵਿਸਰਿਐ ਜਮ ਵਸਿ ਪਾਹਿ ॥ ਅੰਤ ਕਾਲਿ ਮੂੜੇ ਚੋਟ ਖਾਹਿ ॥੭॥ ਗੁਰ ਸਬਦੁ ਬੀਚਾਰਹਿ ਆਪੁ ਜਾਇ ॥ ਸਾਚ ਜੋਗੁ ਮਨਿ ਵਸੈ ਆਇ ॥੮॥ ਜਿਨਿ ਜੀਉ ਪਿੰਡੁ ਦਿਤਾ ਤਿਸੁ ਚੇਤਹਿ ਨਾਹਿ ॥ ਮੜੀ ਮਸਾਣੀ ਮੂੜੇ ਜੋਗੁ ਨਾਹਿ ॥੯॥ ਗੁਣ ਨਾਨਕੁ ਬੋਲੈ ਭਲੀ ਬਾਣਿ ॥ ਤੁਮ ਹੋਹੁ ਸੁਜਾਖੇ ਲੇਹੁ ਪਛਾਣਿ ॥੧੦॥੫॥ ਬਸੰਤੁ ਮਹਲਾ ੧ ॥ ਦੁਬਿਧਾ ਦੁਰਮਤਿ ਅਧੁਲੀ ਕਾਰ ॥ ਮਨਮੁਖਿ ਭਰਮੈ ਮਝਿ ਗੁਬਾਰ ॥੧॥ ਮਨੁ ਅੰਧੁਲਾ ਅੰਧੁਲੀ ਮਤਿ ਲਾਗੈ ॥ ਗੁਰ ਕਰਣੀ ਬਿਨੁ ਭਰਮੁ ਨ ਭਾਗੈ ॥੧॥ ਰਹਾਉ ॥ ਮਨਮੁਖਿ ਅੰਧੁਲੇ ਗੁਰਮਤਿ ਨ ਭਾਈ ॥ ਪਸੂ ਭਏ ਅਭਿਮਾਨੁ ਨ ਜਾਈ ॥੨॥ ਲਖ ਚਉਰਾਸੀਹ ਜੰਤ ਉਪਾਏ ॥ ਮੇਰੇ ਠਾਕੁਰ ਭਾਣੇ ਸਿਰਜਿ ਸਮਾਏ ॥੩॥ ਸਗਲੀ ਭੂਲੈ ਨਹੀ ਸਬਦੁ ਅਚਾਰੁ ॥ ਸੋ ਸਮਝੈ ਜਿਸੁ ਗੁਰੁ ਕਰਤਾਰੁ ॥੪॥ ਗੁਰ ਕੇ ਚਾਕਰ ਠਾਕੁਰ ਭਾਣੇ ॥ ਬਖਸਿ ਲੀਏ ਨਾਹੀ ਜਮ ਕਾਣੇ ॥੫॥ ਜਿਨ ਕੈ ਹਿਰਦੈ ਏਕੋ ਭਾਇਆ ॥ ਆਪੇ ਮੇਲੇ ਭਰਮੁ ਚੁਕਾਇਆ ॥੬॥ ਬੇਮੁਹਤਾਜੁ ਬੇਅੰਤੁ ਅਪਾਰਾ ॥ ਸਚਿ ਪਤੀਜੈ ਕਰਣੈਹਾਰਾ ॥੭॥ ਨਾਨਕ ਭੂਲੇ ਗੁਰੁ ਸਮਝਾਵੈ ॥ ਏਕੁ ਦਿਖਾਵੈ ਸਾਚਿ ਟਿਕਾਵੈ ॥੮॥੬॥ ਬਸੰਤੁ ਮਹਲਾ ੧ ॥ ਆਪੇ ਭਵਰਾ ਫੂਲ ਬੇਲਿ ॥ ਆਪੇ ਸੰਗਤਿ ਮੀਤ ਮੇਲਿ ॥੧॥ ਐਸੀ ਭਵਰਾ ਬਾਸੁ ਲੇ ॥ ਤਰਵਰ ਫੂਲੇ ਬਨ ਹਰੇ ॥੧॥ ਰਹਾਉ ॥ ਆਪੇ ਕਵਲਾ ਕੰਤੁ ਆਪਿ ॥ ਆਪੇ ਰਾਵੇ ਸਬਦਿ ਥਾਪਿ ॥੨॥ ਆਪੇ ਬਛਰੂ ਗਊ ਖੀਰੁ ॥ ਆਪੇ ਮੰਦਰੁ ਥੰਮ੍ਹੁ ਸਰੀਰੁ ॥੩॥ ਆਪੇ ਕਰਣੀ ਕਰਣਹਾਰੁ ॥ ਆਪੇ ਗੁਰਮੁਖਿ

ਕਰਿ ਬੀਚਾਰੁ ॥੪॥ ਤੂ ਕਰਿ ਕਰਿ ਦੇਖਹਿ ਕਰਣਹਾਰੁ ॥ ਜੋਤਿ ਜੀਅ ਅਸੰਖ ਦੇਇ ਅਧਾਰੁ ॥੫॥ ਤੂ ਸਰੁ ਸਾਗਰੁ ਗੁਣ ਗਹੀਰੁ ॥ ਤੂ ਅਕੁਲ ਨਿਰੰਜਨੁ ਪਰਮ ਹੀਰੁ ॥੬॥ ਤੂ ਆਪੇ ਕਰਤਾ ਕਰਣ ਜੋਗੁ ॥ ਨਿਹਕੇਵਲੁ ਰਾਜਨ ਸੁਖੀ ਲੋਗੁ ॥੭॥ ਨਾਨਕ ਧ੍ਰਾਪੇ ਹਰਿ ਨਾਮ ਸੁਆਦਿ ॥ ਬਿਨੁ ਹਰਿ ਗੁਰ ਪ੍ਰੀਤਮ ਜਨਮੁ ਬਾਦਿ ॥੮॥੭॥

ਅੰਗ 1190 ਤੋਂ ਬਸੰਤੁ ਹਿੰਡੋਲੁ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਅੰਗ 1191 ਤੱਕ ਹੈ।

ਅੰਗ 1191 'ਤੇ ਬਸੰਤੁ ਹਿੰਡੋਲੁ ਘਰੁ ੨ ਮਹਲਾ ੪ ਬਾਣੀ ਦਰਜ ਹੈ।

ਅੰਗ 1192 ਤੋਂ ਬਸੰਤੁ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1193 ਤੱਕ ਹੈ।

ਅੰਗ 1193 'ਤੇ ਬਸੰਤ ਕੀ ਵਾਰ ਮਹਲੁ ੫ ਬਾਣੀ ਦਰਜ ਹੈ।

ਅੰਗ 1193 ਤੋਂ ਬਸੰਤੁ ਬਾਣੀ ਭਗਤਾਂ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1196 ਤੱਕ ਹੈ। ਇਸ ਵਿਚ ਬਾਣੀ ਕਬੀਰ ਜੀ, ਬਾਣੀ ਰਾਮਾਨੰਦ ਜੀ, ਬਸੰਤੁ ਬਾਣੀ ਨਾਮਦੇਉ ਜੀ ਕੀ, ਬਸੰਤੁ ਬਾਣੀ ਰਵਿਦਾਸ ਜੀ ਕੀ ਅਤੇ ਬਾਣੀ ਬਸੰਤੁ ਕਬੀਰ ਜੀਉ ਦਰਜ ਹੈ।

ਰਾਗੁ ਸਾਰਗ ਚਉਪਦੇ ਮਹਲਾ ੧

ਅੰਗ 1197 ਤੋਂ ਰਾਗੁ ਸਾਰਗ ਸ਼ੁਰੂ ਹੋ ਜਾਂਦਾ ਹੈ, ਜੋ ਅੰਗ 1198 ਤੱਕ ਹੈ।

ਰਾਗੁ ਸਾਰਗ ਚਉਪਦੇ ਮਹਲਾ ੧ ਘਰੁ ੧

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਅਪੁਨੇ ਠਾਕੁਰ ਕੀ ਹਉ ਚੇਰੀ ॥ ਚਰਨ ਗਹੇ ਜਗਜੀਵਨ ਪ੍ਰਭ ਕੇ ਹਉਮੈ ਮਾਰਿ ਨਿਬੇਰੀ ॥੧॥ ਰਹਾਉ ॥ ਪੂਰਨ ਪਰਮ ਜੋਤਿ ਪਰਮੇਸਰ ਪ੍ਰੀਤਮ ਪ੍ਰਾਨ ਹਮਾਰੇ ॥ ਮੋਹਨ ਮੋਹਿ ਲੀਆ ਮਨੁ ਮੇਰਾ ਸਮਝਸਿ ਸਬਦੁ ਬੀਚਾਰੇ ॥੧॥ ਮਨਮੁਖ ਹੀਨ ਹੋਛੀ ਮਤਿ ਝੂਠੀ ਮਨਿ ਤਨਿ ਪੀਰ ਸਰੀਰੇ ॥ ਜਬ ਕੀ ਰਾਮ ਰੰਗੀਲੈ ਰਾਤੀ ਰਾਮ ਜਪਤ ਮਨ ਧੀਰੇ ॥੨॥ ਹਉਮੈ ਛੋਡਿ ਭਈ ਬੈਰਾਗਨਿ ਤਬ ਸਾਚੀ ਸੁਰਤਿ ਸਮਾਨੀ ॥ ਅਕੁਲ ਨਿਰੰਜਨ ਸਿਉ ਮਨੁ ਮਾਨਿਆ ਬਿਸਰੀ ਲਾਜ ਲੋੁਕਾਨੀ ॥੩॥ ਭੂਤ ਭਵਿਖ ਨਾਹੀ ਤੁਮ ਜੈਸੇ ਮੇਰੇ ਪ੍ਰੀਤਮ ਪ੍ਰਾਨ ਅਧਾਰਾ ॥

ਹਰਿ ਕੈ ਨਾਮਿ ਰਤੀ ਸੋਹਾਗਨਿ ਨਾਨਕ ਰਾਮ ਭਤਾਰਾ ॥੪॥੧॥ ਸਾਰਗ ਮਹਲਾ ੧ ॥ ਹਰਿ ਬਿਨੁ ਕਿਉ ਰਹੀਐ ਦੁਖੁ ਬਿਆਪੈ ॥ ਜਿਹਵਾ ਸਾਦੁ ਨ ਫੀਕੀ ਰਸ ਬਿਨੁ ਬਿਨੁ ਪ੍ਰਭ ਕਾਲੁ ਸੰਤਾਪੈ ॥੧॥ ਰਹਾਉ ॥ ਜਬ ਲਗੁ ਦਰਸੁ ਨ ਪਰਸੈ ਪ੍ਰੀਤਮ ਤਬ ਲਗੁ ਭੂਖ ਪਿਆਸੀ ॥ ਦਰਸਨੁ ਦੇਖਤ ਹੀ ਮਨੁ ਮਾਨਿਆ ਜਲ ਰਸਿ ਕਮਲ ਬਿਗਾਸੀ ॥੧॥ ਊਨਵਿ ਘਨਹਰੁ ਗਰਜੈ ਬਰਸੈ ਕੋਕਿਲ ਮੋਰ ਬੈਰਾਗੈ ॥ ਤਰਵਰ ਬਿਰਖ ਬਿਹੰਗ ਭੁਇਅੰਗਮ ਘਰਿ ਪਿਰ ਧਨ ਸੋਹਾਗੈ ॥੨॥ ਕੁਚਿਲ ਕੁਰੂਪਿ ਕੁਨਾਰਿ ਕੁਲਖਨੀ ਪਿਰ ਕਾ ਸਹਜੁ ਨ ਜਾਨਿਆ ॥ ਹਰਿ ਰਸ ਰੰਗਿ ਰਸਨ ਨਹੀ ਤ੍ਰਿਪਤੀ ਦੁਰਮਤਿ ਦੂਖ ਸਮਾਨਿਆ ॥੩॥ ਆਇ ਨ ਜਾਵੈ ਨਾ ਦੁਖੁ ਪਾਵੈ ਨਾ ਦੁਖ ਦਰਦੁ ਸਰੀਰੇ ॥ ਨਾਨਕ ਪ੍ਰਭ ਤੇ ਸਹਜ ਸੁਹੇਲੀ ਪ੍ਰਭ ਦੇਖਤ ਹੀ ਮਨੁ ਧੀਰੇ ॥੪॥੨॥ ਸਾਰਗ ਮਹਲਾ ੧ ॥ ਦੂਰਿ ਨਾਹੀ ਮੇਰੋ ਪ੍ਰਭੁ ਪਿਆਰਾ ॥ ਸਤਿਗੁਰ ਬਚਨਿ ਮੇਰੋ ਮਨੁ ਮਾਨਿਆ ਹਰਿ ਪਾਏ ਪ੍ਰਾਨ ਅਧਾਰਾ ॥੧॥ ਰਹਾਉ ॥ ਇਨ ਬਿਧਿ ਹਰਿ ਮਿਲੀਐ ਵਰ ਕਾਮਨਿ ਧਨ ਸੋਹਾਗੁ ਪਿਆਰੀ ॥ ਜਾਤਿ ਬਰਨ ਕੁਲ ਸਹਸਾ ਚੂਕਾ ਗੁਰਮਤਿ ਸਬਦਿ ਬੀਚਾਰੀ ॥੧॥ ਜਿਸੁ ਮਨੁ ਮਾਨੈ ਅਭਿਮਾਨੁ ਨ ਤਾ ਕਉ ਹਿੰਸਾ ਲੋਭੁ ਵਿਸਾਰੇ ॥ ਸਹਜਿ ਰਵੈ ਵਰੁ ਕਾਮਣਿ ਪਿਰ ਕੀ ਗੁਰਮੁਖਿ ਰੰਗਿ ਸਵਾਰੇ ॥੨॥ ਜਾਰਉ ਐਸੀ ਪ੍ਰੀਤਿ ਕੁਟੰਬ ਸਨਬੰਧੀ ਮਾਇਆ ਮੋਹ ਪਸਾਰੀ ॥ ਜਿਸੁ ਅੰਤਰਿ ਪ੍ਰੀਤਿ ਰਾਮ ਰਸੁ ਨਾਹੀ ਦੁਬਿਧਾ ਕਰਮ ਬਿਕਾਰੀ ॥੩॥ ਅੰਤਰਿ ਰਤਨ ਪਦਾਰਥ ਹਿਤ ਕੌ ਦੁਰੈ ਨ ਲਾਲ ਪਿਆਰੀ ॥ ਨਾਨਕ ਗੁਰਮੁਖਿ ਨਾਮੁ ਅਮੋਲਕੁ ਜੁਗਿ ਜੁਗਿ ਅੰਤਰਿ ਧਾਰੀ ॥੪॥੩॥

ਅੰਗ 1198 ਤੋਂ ਸਾਰੰਗ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1202 ਤੱਕ ਹੈ।

ਅੰਗ 1202 ਤੋਂ ਸਾਰੰਗ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1231 ਤੱਕ ਹੈ।

ਅੰਗ 1231 ਤੋਂ ਰਾਗੁ ਸਾਰੰਗ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1232 ਤੱਕ ਹੈ।

ਰਾਗੁ ਸਾਰਗ ਅਸਟਪਦੀਆ ਮਹਲਾ ੧

ਅੰਗ 1232 ਤੋਂ ਰਾਗੁ ਸਾਰਗ ਅਸਟਪਦੀਆ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1233 ਤੱਕ ਹੈ।

ਰਾਗੁ ਸਾਰਗ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਹਰਿ ਬਿਨੁ ਕਿਉ ਜੀਵਾ ਮੇਰੀ ਮਾਈ ॥ ਜੈ ਜਗਦੀਸ ਤੇਰਾ ਜਸੁ ਜਾਚਉ ਮੈ ਹਰਿ ਬਿਨੁ ਰਹਨੁ ਨ ਜਾਈ ॥੧॥ ਰਹਾਉ ॥ ਹਰਿ ਕੀ ਪਿਆਸ ਪਿਆਸੀ ਕਾਮਨਿ ਦੇਖਉ ਰੈਨਿ ਸਬਾਈ ॥ ਸ੍ਰੀਧਰ ਨਾਥ ਮੇਰਾ ਮਨੁ ਲੀਨਾ ਪ੍ਰਭੁ ਜਾਨੈ ਪੀਰ ਪਰਾਈ ॥੧॥ ਗਣਤ ਸਰੀਰਿ ਪੀਰ ਹੈ ਹਰਿ ਬਿਨੁ ਗੁਰ ਸਬਦੀ ਹਰਿ ਪਾਂਈ ॥ ਹੋਹੁ ਦਇਆਲ ਕ੍ਰਿਪਾ ਕਰਿ ਹਰਿ ਜੀਉ ਹਰਿ ਸਿਉ ਰਹਾਂ ਸਮਾਈ ॥੨॥ ਐਸੀ ਰਵਤ ਰਵਹੁ ਮਨ ਮੇਰੇ ਹਰਿ ਚਰਣੀ ਚਿਤੁ ਲਾਈ ॥ ਬਿਸਮ ਭਏ ਗੁਣ ਗਾਇ ਮਨੋਹਰ ਨਿਰਭਉ ਸਹਜਿ ਸਮਾਈ ॥੩॥ ਹਿਰਦੈ ਨਾਮੁ ਸਦਾ ਧੁਨਿ ਨਿਹਚਲ ਘਟੈ ਨ ਕੀਮਤਿ ਪਾਈ ॥ ਬਿਨੁ ਨਾਵੈ ਸਭੁ ਕੋਈ ਨਿਰਧਨੁ ਸਤਿਗੁਰਿ ਬੂਝ ਬੁਝਾਈ ॥੪॥ ਪ੍ਰੀਤਮ ਪ੍ਰਾਨ ਭਏ ਸੁਨਿ ਸਜਨੀ ਦੂਤ ਮੁਏ ਬਿਖੁ ਖਾਈ ॥ ਜਬ ਕੀ ਉਪਜੀ ਤਬ ਕੀ ਤੈਸੀ ਰੰਗੁਲ ਭਈ ਮਨਿ ਭਾਈ ॥੫॥ ਸਹਜ ਸਮਾਧਿ ਸਦਾ ਲਿਵ ਹਰਿ ਸਿਉ ਜੀਵਾਂ ਹਰਿ ਗੁਨ ਗਾਈ ॥ ਗੁਰ ਕੈ ਸਬਦਿ ਰਤਾ ਬੈਰਾਗੀ ਨਿਜ ਘਰਿ ਤਾੜੀ ਲਾਈ ॥੬॥ ਸੁਧ ਰਸ ਨਾਮੁ ਮਹਾ ਰਸੁ ਮੀਠਾ ਨਿਜ ਘਰਿ ਤਤੁ ਗੁਸਾਂਈਂ ॥ ਤਹ ਹੀ ਮਨੁ ਜਹ ਹੀ ਤੈ ਰਾਖਿਆ ਐਸੀ ਗੁਰਮਤਿ ਪਾਈ ॥੭॥ ਸਨਕ ਸਨਾਦਿ ਬ੍ਰਹਮਾਦਿ

ਇੰਦ੍ਰਾਦਿਕ ਭਗਤਿ ਰਤੇ ਬਨਿ ਆਈ ॥ ਨਾਨਕ ਹਰਿ ਬਿਨੁ ਘਰੀ ਨ ਜੀਵਾਂ ਹਰਿ ਕਾ ਨਾਮੁ ਵਡਾਈ ॥੮॥੧॥ ਸਾਰਗ ਮਹਲਾ ੧ ॥ ਹਰਿ ਬਿਨੁ ਕਿਉ ਧੀਰੈ ਮਨੁ ਮੇਰਾ ॥ ਕੋਟਿ ਕਲਪ ਕੇ ਦੂਖ ਬਿਨਾਸਨ ਸਾਚੁ ਦ੍ਰਿੜਾਇ ਨਿਬੇਰਾ ॥੧॥ ਰਹਾਉ ॥ ਕ੍ਰੋਧੁ ਨਿਵਾਰਿ ਜਲੇ ਹਉ ਮਮਤਾ ਪ੍ਰੇਮੁ ਸਦਾ ਨਉ ਰੰਗੀ ॥ ਅਨਭਉ ਬਿਸਰਿ ਗਏ ਪ੍ਰਭੁ ਜਾਚਿਆ ਹਰਿ ਨਿਰਮਾਇਲੁ ਸੰਗੀ ॥੧॥ ਚੰਚਲ ਮਤਿ ਤਿਆਗਿ ਭਉ ਭੰਜਨੁ ਪਾਇਆ ਏਕ ਸਬਦਿ ਲਿਵ ਲਾਗੀ ॥ ਹਰਿ ਰਸੁ ਚਾਖਿ ਤ੍ਰਿਖਾ ਨਿਵਾਰੀ ਹਰਿ ਮੇਲਿ ਲਏ ਬਡਭਾਗੀ ॥੨॥ ਅਭਰਤ ਸਿੰਚਿ ਭਏ ਸੁਭਰ ਸਰ ਗੁਰਮਤਿ ਸਾਚੁ ਨਿਹਾਲਾ ॥ ਮਨ ਰਤਿ ਨਾਮਿ ਰਤੇ ਨਿਹਕੇਵਲ ਆਦਿ ਜੁਗਾਦਿ ਦਇਆਲਾ ॥੩॥ ਮੋਹਨਿ ਮੋਹਿ ਲੀਆ ਮਨੁ ਮੋਰਾ ਬਡੈ ਭਾਗ ਲਿਵ ਲਾਗੀ ॥ ਸਾਚੁ ਬੀਚਾਰਿ ਕਿਲਵਿਖ ਦੁਖ ਕਾਟੇ ਮਨੁ ਨਿਰਮਲੁ ਅਨਰਾਗੀ ॥੪॥ ਗਹਿਰ ਗੰਭੀਰ ਸਾਗਰ ਰਤਨਾਗਰ ਅਵਰ ਨਹੀ ਅਨ ਪੂਜਾ ॥ ਸਬਦੁ ਬੀਚਾਰਿ ਭਰਮ ਭਉ ਭੰਜਨੁ ਅਵਰੁ ਨ ਜਾਨਿਆ ਦੂਜਾ ॥੫॥ ਮਨੂਆ ਮਾਰਿ ਨਿਰਮਲ ਪਦੁ ਚੀਨਿਆ ਹਰਿ ਰਸ ਰਤੇ ਅਧਿਕਾਈ ॥ ਏਕਸ ਬਿਨੁ ਮੈ ਅਵਰੁ ਨ ਜਾਨਾਂ ਸਤਿਗੁਰਿ ਬੂਝ ਬੁਝਾਈ ॥੬॥ ਅਗਮ ਅਗੋਚਰੁ ਅਨਾਥੁ ਅਜੋਨੀ ਗੁਰਮਤਿ ਏਕੋ ਜਾਨਿਆ ॥ ਸੁਭਰ ਭਰੇ ਨਾਹੀ ਚਿਤੁ ਡੋਲੈ ਮਨ ਹੀ ਤੇ ਮਨੁ ਮਾਨਿਆ ॥੭॥ ਗੁਰ ਪਰਸਾਦੀ ਅਕਥਉ ਕਥੀਐ ਕਹਉ ਕਹਾਵੈ ਸੋਈ ॥ ਨਾਨਕ ਦੀਨ ਦਇਆਲ ਹਮਾਰੇ ਅਵਰੁ ਨ ਜਾਨਿਆ ਕੋਈ ॥੮॥੨॥

ਅੰਗ 1233 ਤੋਂ ਸਾਰਗ ਮਹਲਾ ੩ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1235 ਤੱਕ ਹੈ।

ਅੰਗ 1235 ਤੋਂ ਸਾਰਗ ਮਹਲਾ ੫ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1236 ਤੱਕ ਹੈ।

ਅੰਗ 1236 ਤੋਂ ਸਾਰਗ ਛੰਤ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1237 ਤੱਕ ਹੈ।

ਸਾਰੰਗ ਕੀ ਵਾਰ ਮਹਲਾ ੪

ਅੰਗ 1237 ਤੋਂ ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1251 ਤੱਕ ਹੈ। ਇਸ ਵਾਰ ਵਿਚ

ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੨ ॥--

ਮਹਲਾ ੧ ॥ ਨ ਭੀਜੈ ਰਾਗੀ ਨਾਦੀ ਬੇਦਿ ॥ ਨ ਭੀਜੈ ਸੁਰਤੀ ਗਿਆਨੀ ਜੋਗਿ ॥ ਨ ਭੀਜੈ ਸੋਗੀ ਕੀਤੈ ਰੋਜਿ ॥ ਨ ਭੀਜੈ ਰੂਪੀ ਮਾਲੀ ਰੰਗਿ ॥ ਨ ਭੀਜੈ ਤੀਰਥਿ ਭਵਿਐ ਨੰਗਿ ॥ ਨ ਭੀਜੈ ਦਾਤੀ ਕੀਤੈ ਪੁੰਨਿ ॥ ਨ ਭੀਜੈ ਬਾਹਰਿ ਬੈਠਿਆ ਸੁੰਨਿ ॥ ਨ ਭੀਜੈ ਭੇੜਿ ਮਰਹਿ ਭਿੜਿ ਸੂਰ ॥ ਨ ਭੀਜੈ ਕੇਤੇ ਹੋਵਹਿ ਧੂੜ ॥ ਲੇਖਾ ਲਿਖੀਐ ਮਨ ਕੈ ਭਾਇ ॥ ਨਾਨਕ ਭੀਜੈ ਸਾਚੈ ਨਾਇ ॥੨॥ ਮਹਲਾ ੧ ॥ ਨਵ ਛਿਅ ਖਟ ਕਾ ਕਰੇ ਬੀਚਾਰੁ ॥ ਨਿਸਿ ਦਿਨ ਉਚਰੈ ਭਾਰ ਅਠਾਰ ॥ ਤਿਨਿ ਭੀ ਅੰਤੁ ਨ ਪਾਇਆ ਤੋਹਿ ॥ ਨਾਮ ਬਿਹੂਣ ਮੁਕਤਿ ਕਿਉ ਹੋਇ ॥ ਨਾਭਿ ਵਸਤ ਬ੍ਰਹਮੈ ਅੰਤੁ ਨ ਜਾਣਿਆ ॥ ਗੁਰਮੁਖਿ ਨਾਨਕ ਨਾਮੁ ਪਛਾਣਿਆ ॥੩॥ ਪਉੜੀ ॥ ਆਪੇ ਆਪਿ ਨਿਰੰਜਨਾ

ਜਿਨਿ ਆਪੁ ਉਪਾਇਆ ॥ ਆਪੇ ਖੇਲੁ ਰਚਾਇਓਨੁ ਸਭੁ ਜਗਤੁ ਸਬਾਇਆ ॥ ਤ੍ਰੈ ਗੁਣ ਆਪਿ ਸਿਰਜਿਅਨੁ ਮਾਇਆ ਮੋਹੁ ਵਧਾਇਆ ॥ ਗੁਰ ਪਰਸਾਦੀ ਉਬਰੇ ਜਿਨ ਭਾਣਾ ਭਾਇਆ ॥ ਨਾਨਕ ਸਚੁ ਵਰਤਦਾ ਸਭ ਸਚਿ ਸਮਾਇਆ ॥੧॥

ਸਲੋਕ ਮਹਲਾ ੨ ॥ --

ਮਹਲਾ ੧ ॥ ਜਿਨਸਿ ਥਾਪਿ ਜੀਆਂ ਕਉ ਭੇਜੈ ਜਿਨਸਿ ਥਾਪਿ ਲੈ ਜਾਵੈ ॥ ਆਪੇ ਥਾਪਿ ਉਥਾਪੈ ਆਪੇ ਏਤੇ ਵੇਸ ਕਰਾਵੈ ॥ ਜੇਤੇ ਜੀਅ ਫਿਰਹਿ ਅਉਧੂਤੀ ਆਪੇ ਭਿਖਿਆ ਪਾਵੈ ॥ ਲੇਖੈ ਬੋਲਣੁ ਲੇਖੈ ਚਲਣੁ ਕਾਇਤੁ ਕੀਚਹਿ ਦਾਵੇ ॥ ਮੂਲੁ ਮਤਿ ਪਰਵਾਣਾ ਏਹੋ ਨਾਨਕੁ ਆਖਿ ਸੁਣਾਏ ॥ ਕਰਣੀ ਉਪਰਿ ਹੋਇ ਤਪਾਵਸੁ ਜੇ ਕੋ ਕਹੈ ਕਹਾਏ ॥੨॥ ਪਉੜੀ ॥ ਗੁਰਮੁਖਿ ਚਲਤੁ ਰਚਾਇਓਨੁ ਗੁਣ ਪਰਗਟੀ ਆਇਆ ॥ ਗੁਰਬਾਣੀ ਸਦ ਉਚਰੈ ਹਰਿ ਮੰਨਿ ਵਸਾਇਆ ॥ ਸਕਤਿ ਗਈ ਭ੍ਰਮੁ ਕਟਿਆ ਸਿਵ ਜੋਤਿ ਜਗਾਇਆ ॥ ਜਿਨ ਕੈ ਪੋਤੈ ਪੁੰਨੁ ਹੈ ਗੁਰੁ ਪੁਰਖੁ ਮਿਲਾਇਆ ॥ ਨਾਨਕ ਸਹਜੇ ਮਿਲਿ ਰਹੇ ਹਰਿ ਨਾਮਿ ਸਮਾਇਆ ॥੨॥

ਸਲੋਕ ਮਹਲਾ ੨ ॥ --

ਮਹਲਾ ੧ ॥ ਜੁੜਿ ਜੁੜਿ ਵਿਛੁੜੇ ਵਿਛੁੜਿ ਜੁੜੇ ॥ ਜੀਵਿ ਜੀਵਿ ਮੁਏ ਮੁਏ ਜੀਵੇ ॥ ਕੇਤਿਆ ਕੇ ਬਾਪ ਕੇਤਿਆ ਕੇ ਬੇਟੇ ਕੇਤੇ ਗੁਰ ਚੇਲੇ ਹੂਏ ॥ ਆਗੈ ਪਾਛੈ ਗਣਤ ਨ ਆਵੈ ਕਿਆ ਜਾਤੀ ਕਿਆ ਹੁਣਿ ਹੂਏ ॥ ਸਭੁ ਕਰਣਾ ਕਿਰਤੁ ਕਰਿ ਲਿਖੀਐ ਕਰਿ ਕਰਿ ਕਰਤਾ ਕਰੇ ਕਰੇ ॥ ਮਨਮੁਖਿ ਮਰੀਐ ਗੁਰਮੁਖਿ ਤਰੀਐ ਨਾਨਕ ਨਦਰੀ ਨਦਰਿ ਕਰੇ ॥੨॥ ਪਉੜੀ ॥ ਮਨਮੁਖਿ ਦੂਜਾ ਭਰਮੁ ਹੈ ਦੂਜੈ ਲੋਭਾਇਆ ॥ ਕੂੜੁ ਕਪਟੁ ਕਮਾਵਦੇ ਕੂੜੋ ਆਲਾਇਆ ॥ ਪੁਤ੍ਰ ਕਲਤ੍ਰ ਮੋਹੁ ਹੇਤੁ ਹੈ ਸਭੁ ਦੁਖੁ ਸਬਾਇਆ ॥ ਜਮ ਦਰਿ ਬਧੇ ਮਾਰੀਅਹਿ ਭਰਮਹਿ ਭਰਮਾਇਆ ॥ ਮਨਮੁਖਿ ਜਨਮੁ ਗਵਾਇਆ ਨਾਨਕ ਹਰਿ ਭਾਇਆ ॥੩॥

ਸਲੋਕ ਮਹਲਾ ੨ ॥ ---

ਸਲੋਕ ਮਹਲਾ ੧ ॥ ਨਾਨਕ ਤੁਲੀਅਹਿ ਤੋਲ ਜੇ ਜੀਉ ਪਿਛੈ ਪਾਈਐ ॥ ਇਕਸੁ ਨ ਪੁਜਹਿ ਬੋਲ ਜੇ ਪੂਰੇ ਪੂਰਾ ਕਰਿ ਮਿਲੈ ॥ ਵਡਾ ਆਖਣੁ ਭਾਰਾ ਤੋਲੁ ॥ ਹੋਰ ਹਉਲੀ ਮਤੀ ਹਉਲੇ ਬੋਲ ॥ ਧਰਤੀ ਪਾਣੀ ਪਰਬਤ ਭਾਰੁ ॥ ਕਿਉ ਕੰਡੈ ਤੋਲੈ ਸੁਨਿਆਰੁ ॥ ਤੋਲਾ ਮਾਸਾ ਰਤਕ ਪਾਇ ॥ ਨਾਨਕ ਪੁਛਿਆ ਦੇਇ ਪੁਜਾਇ ॥ ਮੂਰਖ ਅੰਧਿਆ ਅੰਧੀ ਧਾਤੁ ॥ ਕਹਿ ਕਹਿ ਕਹਣੁ ਕਹਾਇਨਿ ਆਪੁ ॥੧॥ ਮਹਲਾ ੧ ॥ ਆਖਣਿ ਅਉਖਾ ਸੁਨਣਿ ਅਉਖਾ ਆਖਿ ਨ ਜਾਪੀ ਆਖਿ ॥ ਇਕਿ ਆਖਿ ਆਖਹਿ ਸਬਦੁ ਭਾਖਹਿ ਅਰਧ ਉਰਧ ਦਿਨੁ ਰਾਤਿ ॥ ਜੇ ਕਿਹੁ ਹੋਇ ਤ ਕਿਹੁ ਦਿਸੈ ਜਾਪੈ ਰੂਪੁ ਨ ਜਾਤਿ ॥ ਸਭਿ ਕਾਰਣ ਕਰਤਾ ਕਰੇ ਘਟ ਅਉਘਟ ਘਟ ਥਾਪਿ ॥ ਆਖਣਿ ਅਉਖਾ ਨਾਨਕਾ ਆਖਿ ਨ ਜਾਪੈ ਆਖਿ ॥੨॥ ਪਉੜੀ ॥ ਨਾਇ ਸੁਣਿਐ ਮਨੁ ਰਹਸੀਐ ਨਾਮੇ ਸਾਂਤਿ ਆਈ ॥ ਨਾਇ ਸੁਣਿਐ ਮਨੁ ਤ੍ਰਿਪਤੀਐ ਸਭ ਦੁਖ ਗਵਾਈ ॥ ਨਾਇ ਸੁਣਿਐ ਨਾਉ ਊਪਜੈ ਨਾਮੇ ਵਡਿਆਈ ॥ ਨਾਮੇ ਹੀ ਸਭ ਜਾਤਿ ਪਤਿ ਨਾਮੇ ਗਤਿ ਪਾਈ ॥ ਗੁਰਮੁਖਿ ਨਾਮੁ ਧਿਆਈਐ ਨਾਨਕ ਲਿਵ ਲਾਈ ॥੬॥ ਸਲੋਕ ਮਹਲਾ ੧ ॥ ਜੂਠਿ ਨ ਰਾਗੀ ਜੂਠਿ ਨ ਵੇਦੀ ॥ ਜੂਠਿ ਨ ਚੰਦ ਸੂਰਜ ਕੀ ਭੇਦੀ ॥ ਜੂਠਿ ਨ ਅੰਨੀ ਜੂਠਿ ਨ ਨਾਈ ॥ ਜੂਠਿ ਨ ਮੀਹੁ ਵਰ੍ਹਿਐ ਸਭ ਥਾਈ ॥ ਜੂਠਿ ਨ ਧਰਤੀ ਜੂਠਿ ਨ ਪਾਣੀ ॥ ਜੂਠਿ ਨ ਪਉਣੈ ਮਾਹਿ ਸਮਾਣੀ ॥ ਨਾਨਕ ਨਿਗੁਰਿਆ ਗੁਣੁ ਨਾਹੀ ਕੋਇ ॥ ਮੁਹਿ ਫੇਰਿਐ ਮੁਹੁ ਜੂਠਾ ਹੋਇ ॥੧॥ ਮਹਲਾ ੧ ॥ ਨਾਨਕ ਚੁਲੀਆ ਸੁਚੀਆ ਜੇ ਭਰਿ ਜਾਣੈ ਕੋਇ ॥ ਸੁਰਤੇ ਚੁਲੀ ਗਿਆਨ ਕੀ ਜੋਗੀ ਕਾ ਜਤੁ ਹੋਇ ॥ ਬ੍ਰਹਮਣ ਚੁਲੀ ਸੰਤੋਖ ਕੀ ਗਿਰਹੀ ਕਾ ਸਤੁ ਦਾਨੁ ॥ ਰਾਜੇ ਚੁਲੀ ਨਿਆਵ ਕੀ ਪੜਿਆ ਸਚੁ ਧਿਆਨੁ ॥ ਪਾਣੀ ਚਿਤੁ ਨ ਧੋਪਈ ਮੁਖਿ ਪੀਤੈ ਤਿਖ ਜਾਇ ॥ ਪਾਣੀ ਪਿਤਾ ਜਗਤ ਕਾ ਫਿਰਿ ਪਾਣੀ ਸਭੁ ਖਾਇ ॥੨॥ ਪਉੜੀ ॥ ਨਾਇ ਸੁਣਿਐ ਸਭ ਸਿਧਿ ਹੈ ਰਿਧਿ ਪਿਛੈ ਆਵੈ ॥ ਨਾਇ ਸੁਣਿਐ ਨਉ ਨਿਧਿ ਮਿਲੈ ਮਨ ਚਿੰਦਿਆ ਪਾਵੈ ॥ ਨਾਇ ਸੁਣਿਐ ਸੰਤੋਖੁ ਹੋਇ ਕਵਲਾ ਚਰਨ ਧਿਆਵੈ ॥ ਨਾਇ ਸੁਣਿਐ ਸਹਜੁ ਊਪਜੈ ਸਹਜੇ ਸੁਖੁ ਪਾਵੈ ॥ ਗੁਰਮਤੀ

ਨਾਉ ਪਾਈਐ ਨਾਨਕ ਗੁਣ ਗਾਵੈ ॥੭॥ ਸਲੋਕ ਮਹਲਾ ੧ ॥ ਦੁਖ ਵਿਚਿ ਜੰਮਣੁ ਦੁਖਿ ਮਰਣੁ ਦੁਖਿ ਵਰਤਣੁ ਸੰਸਾਰਿ ॥ ਦੁਖੁ ਦੁਖੁ ਅਗੈ ਆਖੀਐ ਪੜ੍ਹਿ ਪੜ੍ਹਿ ਕਰਹਿ ਪੁਕਾਰ ॥ ਦੁਖ ਕੀਆ ਪੰਡਾ ਖੁਲ੍ਹੀਆ ਸੁਖੁ ਨ ਨਿਕਲਿਓ ਕੋਇ ॥ ਦੁਖ ਵਿਚਿ ਜੀਉ ਜਲਾਇਆ ਦੁਖੀਆ ਚਲਿਆ ਰੋਇ ॥ ਨਾਨਕ ਸਿਫਤੀ ਰਤਿਆ ਮਨੁ ਤਨੁ ਹਰਿਆ ਹੋਇ ॥ ਦੁਖ ਕੀਆ ਅਗੀ ਮਾਰੀਅਹਿ ਭੀ ਦੁਖੁ ਦਾਰੂ ਹੋਇ ॥੧॥ ਮਹਲਾ ੧ ॥ ਨਾਨਕ ਦੁਨੀਆ ਭਸੁ ਰੰਗੁ ਭਸੂ ਹੂ ਭਸੁ ਖੇਹ ॥ ਭਸੋ ਭਸੁ ਕਮਾਵਣੀ ਭੀ ਭਸੁ ਭਰੀਐ ਦੇਹ ॥ ਜਾ ਜੀਉ ਵਿਚਹੁ ਕਢੀਐ ਭਸੂ ਭਰਿਆ ਜਾਇ ॥ ਅਗੈ ਲੇਖੈ ਮੰਗਿਐ ਹੋਰ ਦਸੂਣੀ ਪਾਇ ॥੨॥ ਪਉੜੀ ॥ ਨਾਇ ਸੁਣਿਐ ਸੁਚਿ ਸੰਜਮੋ ਜਮੁ ਨੇੜਿ ਨ ਆਵੈ ॥ ਨਾਇ ਸੁਣਿਐ ਘਟਿ ਚਾਨਣਾ ਆਨ੍ਹੇਰੁ ਗਵਾਵੈ ॥ ਨਾਇ ਸੁਣਿਐ ਆਪੁ ਬੁਝੀਐ ਲਾਹਾ ਨਾਉ ਪਾਵੈ ॥ ਨਾਇ ਸੁਣਿਐ ਪਾਪ ਕਟੀਅਹਿ ਨਿਰਮਲ ਸਚੁ ਪਾਵੈ ॥ ਨਾਨਕ ਨਾਇ ਸੁਣਿਐ ਮੁਖ ਉਜਲੇ ਨਾਉ ਗੁਰਮੁਖਿ ਧਿਆਵੈ ॥੮॥ ਸਲੋਕ ਮਹਲਾ ੧ ॥ ਘਰਿ ਨਾਰਾਇਣੁ ਸਭਾ ਨਾਲਿ ॥ ਪੂਜ ਕਰੇ ਰਖੈ ਨਾਵਾਲਿ ॥ ਕੁੰਗੂ ਚੰਨਣੁ ਫੁਲ ਚੜਾਏ ॥ ਪੈਰੀ ਪੈ ਪੈ ਬਹੁਤੁ ਮਨਾਏ ॥ ਮਾਣੂਆ ਮੰਗਿ ਮੰਗਿ ਪੈਨ੍ਹੈ ਖਾਇ ॥ ਅੰਧੀ ਕੰਮੀ ਅੰਧ ਸਜਾਇ ॥ ਭੁਖਿਆ ਦੇਇ ਨ ਮਰਦਿਆ ਰਖੈ ॥ ਅੰਧਾ ਝਗੜਾ ਅੰਧੀ ਸਥੈ ॥੧॥ ਮਹਲਾ ੧ ॥ ਸਭੇ ਸੁਰਤੀ ਜੋਗ ਸਭਿ ਸਭੇ ਬੇਦ ਪੁਰਾਣ ॥ ਸਭੇ ਕਰਣੇ ਤਪ ਸਭਿ ਸਭੇ ਗੀਤ ਗਿਆਨ ॥ ਸਭੇ ਬੁਧੀ ਸੁਧਿ ਸਭਿ ਸਭਿ ਤੀਰਥ ਸਭਿ ਥਾਨ ॥ ਸਭਿ ਪਾਤਿਸਾਹੀਆ ਅਮਰ ਸਭਿ ਸਭਿ ਖੁਸੀਆ ਸਭਿ ਖਾਨ ॥ ਸਭੇ ਮਾਣਸ ਦੇਵ ਸਭਿ ਸਭੇ ਜੋਗ ਧਿਆਨ ॥ ਸਭੇ ਪੁਰੀਆ ਖੰਡ ਸਭਿ ਸਭੇ ਜੀਅ ਜਹਾਨ ॥ ਹੁਕਮਿ ਚਲਾਏ ਆਪਣੈ ਕਰਮੀ ਵਹੈ ਕਲਾਮ ॥ ਨਾਨਕ ਸਚਾ ਸਚਿ ਨਾਇ ਸਚੁ ਸਭਾ ਦੀਬਾਨੁ ॥੨॥ ਪਉੜੀ ॥ ਨਾਇ ਮੰਨਿਐ ਸੁਖੁ ਉਪਜੈ ਨਾਮੇ ਗਤਿ ਹੋਈ ॥ ਨਾਇ ਮੰਨਿਐ ਪਤਿ ਪਾਈਐ ਹਿਰਦੈ ਹਰਿ ਸੋਈ ॥ ਨਾਇ ਮੰਨਿਐ ਭਵਜਲੁ ਲੰਘੀਐ ਫਿਰਿ ਬਿਘਨੁ ਨ ਹੋਈ ॥ ਨਾਇ ਮੰਨਿਐ ਪੰਥੁ ਪਰਗਟਾ ਨਾਮੇ ਸਭ ਲੋਈ ॥ ਨਾਨਕ ਸਤਿਗੁਰਿ ਮਿਲਿਐ ਨਾਉ ਮੰਨੀਐ ਜਿਨ ਦੇਵੈ ਸੋਈ ॥੯॥ ਸਲੋਕ ਮਃ ੧ ॥ ਪੁਰੀਆ ਖੰਡਾ ਸਿਰਿ ਕਰੇ ਇਕ ਪੈਰਿ ਧਿਆਏ ॥ ਪਉਣੁ ਮਾਰਿ ਮਨਿ ਜਪੁ ਕਰੇ ਸਿਰੁ ਮੁੰਡੀ ਤਲੈ ਦੇਇ ॥ ਕਿਸੁ ਉਪਰਿ ਓਹੁ ਟਿਕ ਟਿਕੈ ਕਿਸ ਨੋ ਜੋਰੁ ਕਰੇਇ ॥ ਕਿਸ ਨੋ ਕਹੀਐ ਨਾਨਕਾ ਕਿਸ ਨੋ ਕਰਤਾ ਦੇਇ

॥ ਹੁਕਮਿ ਰਹਾਏ ਆਪਣੈ ਮੂਰਖੁ ਆਪੁ ਗਣੇਇ ॥੧॥ ਮਃ ੧ ॥ ਹੈ ਹੈ ਆਖਾਂ ਕੋਟਿ ਕੋਟਿ ਕੋਟੀ ਹੂ ਕੋਟਿ ਕੋਟਿ ॥ ਆਖੂੰ ਆਖਾਂ ਸਦਾ ਸਦਾ ਕਹਣਿ ਨ ਆਵੈ ਤੋਟਿ ॥ ਨਾ ਹਉ ਥਕਾਂ ਨ ਠਾਕੀਆ ਏਵਡ ਰਖਹਿ ਜੋਤਿ ॥ ਨਾਨਕ ਚਸਿਅਹੁ ਚੁਖ ਬਿੰਦ ਉਪਰਿ ਆਖਣੁ ਦੋਸੁ ॥੨॥ ਪਉੜੀ ॥ ਨਾਇ ਮੰਨਿਐ ਕੁਲੁ ਉਧਰੈ ਸਭੁ ਕੁਟੰਬੁ ਸਬਾਇਆ ॥ ਨਾਇ ਮੰਨਿਐ ਸੰਗਤਿ ਉਧਰੈ ਜਿਨ ਰਿਦੈ ਵਸਾਇਆ ॥ ਨਾਇ ਮੰਨਿਐ ਸੁਣਿ ਉਧਰੇ ਜਿਨ ਰਸਨ ਰਸਾਇਆ ॥ ਨਾਇ ਮੰਨਿਐ ਦੁਖ ਭੁਖ ਗਈ ਜਿਨ ਨਾਮਿ ਚਿਤੁ ਲਾਇਆ ॥ ਨਾਨਕ ਨਾਮੁ ਤਿਨੀ ਸਾਲਾਹਿਆ ਜਿਨ ਗੁਰੂ ਮਿਲਾਇਆ ॥੧੦॥ ਸਲੋਕ ਮਃ ੧ ॥ ਸਭੇ ਰਾਤੀ ਸਭਿ ਦਿਹ ਸਭਿ ਥਿਤੀ ਸਭਿ ਵਾਰ ॥ ਸਭੇ ਰੁਤੀ ਮਾਹ ਸਭਿ ਸਭਿ ਧਰਤੀਂ ਸਭਿ ਭਾਰ ॥ ਸਭੇ ਪਾਣੀ ਪਉਣ ਸਭਿ ਸਭਿ ਅਗਨੀ ਪਾਤਾਲ ॥ ਸਭੇ ਪੁਰੀਆ ਖੰਡ ਸਭਿ ਸਭਿ ਲੋਅ ਲੋਅ ਆਕਾਰ ॥ ਹੁਕਮੁ ਨ ਜਾਪੀ ਕੇਤੜਾ ਕਹਿ ਨ ਸਕੀਜੈ ਕਾਰ ॥ ਆਖਹਿ ਥਕਹਿ ਆਖਿ ਆਖਿ ਕਰਿ ਸਿਫਤੀਂ ਵੀਚਾਰ ॥ ਤ੍ਰਿਣੁ ਨ ਪਾਇਓ ਬਪੁੜੀ ਨਾਨਕੁ ਕਹੈ ਗਵਾਰ ॥੧॥ ਮਃ ੧ ॥ ਅਖੀਂ ਪਰਣੈ ਜੇ ਫਿਰਾਂ ਦੇਖਾਂ ਸਭੁ ਆਕਾਰੁ ॥ ਪੁਛਾ ਗਿਆਨੀ ਪੰਡਿਤਾਂ ਪੁਛਾ ਬੇਦ ਬੀਚਾਰ ॥ ਪੁਛਾ ਦੇਵਾਂ ਮਾਣਸਾਂ ਜੋਧ ਕਰਹਿ ਅਵਤਾਰ ॥ ਸਿਧ ਸਮਾਧੀ ਸਭਿ ਸੁਣੀ ਜਾਇ ਦੇਖਾਂ ਦਰਬਾਰੁ ॥ ਅਗੈ ਸਚਾ ਸਚਿ ਨਾਇ ਨਿਰਭਉ ਭੈ ਵਿਣੁ ਸਾਰੁ ॥ ਹੋਰ ਕਚੀ ਮਤੀ ਕਚੁ ਪਿਚੁ ਅੰਧਿਆ ਅੰਧੁ ਬੀਚਾਰੁ ॥ ਨਾਨਕ ਕਰਮੀ ਬੰਦਗੀ ਨਦਰਿ ਲੰਘਾਏ ਪਾਰਿ ॥੨॥ ਪਉੜੀ ॥ ਨਾਇ ਮੰਨਿਐ ਦੁਰਮਤਿ ਗਈ ਮਤਿ ਪਰਗਟੀ ਆਇਆ ॥ ਨਾਉ ਮੰਨਿਐ ਹਉਮੈ ਗਈ ਸਭਿ ਰੋਗ ਗਵਾਇਆ ॥ ਨਾਇ ਮੰਨਿਐ ਨਾਮੁ ਊਪਜੈ ਸਹਜੇ ਸੁਖੁ ਪਾਇਆ ॥ ਨਾਇ ਮੰਨਿਐ ਸਾਂਤਿ ਉਪਜੈ ਹਰਿ ਮੰਨਿ ਵਸਾਇਆ ॥ ਨਾਨਕ ਨਾਮੁ ਰਤੰਨੁ ਹੈ ਗੁਰਮੁਖਿ ਹਰਿ ਧਿਆਇਆ ॥੧੧॥ ਸਲੋਕ ਮਃ ੧ ॥ ਹੋਰੁ ਸਰੀਕੁ ਹੋਵੈ ਕੋਈ ਤੇਰਾ ਤਿਸੁ ਅਗੈ ਤੁਧੁ ਆਖਾਂ ॥ ਤੁਧੁ ਅਗੈ ਤੁਧੈ ਸਾਲਾਹੀ ਮੈ ਅੰਧੇ ਨਾਉ ਸੁਜਾਖਾ ॥ ਜੇਤਾ ਆਖਣੁ ਸਾਹੀ ਸਬਦੀ ਭਾਖਿਆ ਭਾਇ ਸੁਭਾਈ ॥ ਨਾਨਕ ਬਹੁਤਾ ਏਹੋ ਆਖਣੁ ਸਭ ਤੇਰੀ ਵਡਿਆਈ ॥੧॥ ਮਃ ੧ ॥ ਜਾਂ ਨ ਸਿਆ ਕਿਆ ਚਾਕਰੀ ਜਾਂ ਜੰਮੇ ਕਿਆ ਕਾਰ ॥ ਸਭਿ ਕਾਰਣ ਕਰਤਾ ਕਰੇ ਦੇਖੈ ਵਾਰੋ ਵਾਰ ॥ ਜੇ ਚੁਪੈ ਜੇ ਮੰਗਿਐ ਦਾਤਿ ਕਰੇ ਦਾਤਾਰੁ ॥ ਇਕੁ ਦਾਤਾ ਸਭਿ ਮੰਗਤੇ ਫਿਰਿ ਦੇਖਹਿ ਆਕਾਰੁ

॥ ਨਾਨਕ ਏਵੈ ਜਾਣੀਐ ਜੀਵੈ ਦੇਵਣਹਾਰੁ ॥੨॥ ਪਉੜੀ ॥ ਨਾਇ ਮੰਨਿਐ ਸੁਰਤਿ ਉਪਜੈ ਨਾਮੇ ਮਤਿ ਹੋਈ ॥ ਨਾਇ ਮੰਨਿਐ ਗੁਣ ਉਚਰੈ ਨਾਮੇ ਸੁਖਿ ਸੋਈ ॥ ਨਾਇ ਮੰਨਿਐ ਭ੍ਰਮੁ ਕਟੀਐ ਫਿਰਿ ਦੁਖੁ ਨ ਹੋਈ ॥ ਨਾਇ ਮੰਨਿਐ ਸਾਲਾਹੀਐ ਪਾਪਾਂ ਮਤਿ ਧੋਈ ॥ ਨਾਨਕ ਪੂਰੇ ਗੁਰ ਤੇ ਨਾਉ ਮੰਨੀਐ ਜਿਨ ਦੇਵੈ ਸੋਈ ॥੧੨॥ ਸਲੋਕ ਮਃ ੧ ॥ ਸਾਸਤ੍ਰ ਬੇਦ ਪੁਰਾਣ ਪੜ੍ੰਤਾ ॥ ਪੂਕਾਰੰਤਾ ਅਜਾਣੰਤਾ ॥ ਜਾਂ ਬੂਝੈ ਤਾਂ ਸੂਝੈ ਸੋਈ ॥ ਨਾਨਕੁ ਆਖੈ ਕੂਕ ਨ ਹੋਈ ॥੧॥ ਮਃ ੧ ॥ ਜਾਂ ਹਉ ਤੇਰਾ ਤਾਂ ਸਭੁ ਕਿਛੁ ਮੇਰਾ ਹਉ ਨਾਹੀ ਤੂ ਹੋਵਹਿ ॥ ਆਪੇ ਸਕਤਾ ਆਪੇ ਸੁਰਤਾ ਸਕਤੀ ਜਗਤੁ ਪਰੋਵਹਿ ॥ ਆਪੇ ਭੇਜੇ ਆਪੇ ਸਦੇ ਰਚਨਾ ਰਚਿ ਰਚਿ ਵੇਖੈ ॥ ਨਾਨਕ ਸਚਾ ਸਚੀ ਨਾਂਈ ਸਚੁ ਪਵੈ ਧੁਰਿ ਲੇਖੈ ॥੨॥ ਪਉੜੀ ॥ ਨਾਮੁ ਨਿਰੰਜਨ ਅਲਖੁ ਹੈ ਕਿਉ ਲਖਿਆ ਜਾਈ ॥ ਨਾਮੁ ਨਿਰੰਜਨ ਨਾਲਿ ਹੈ ਕਿਉ ਪਾਈਐ ਭਾਈ ॥ ਨਾਮੁ ਨਿਰੰਜਨ ਵਰਤਦਾ ਰਵਿਆ ਸਭ ਠਾਂਈ ॥ ਗੁਰ ਪੂਰੇ ਤੇ ਪਾਈਐ ਹਿਰਦੈ ਦੇਇ ਦਿਖਾਈ ॥ ਨਾਨਕ ਨਦਰੀ ਕਰਮੁ ਹੋਇ ਗੁਰ ਮਿਲੀਐ ਭਾਈ ॥੧੩॥ ਸਲੋਕ ਮਃ ੧ ॥ ਕਲਿ ਹੋਈ ਕੁਤੇ ਮੁਹੀ ਖਾਜੁ ਹੋਆ ਮੁਰਦਾਰੁ ॥ ਕੂੜੁ ਬੋਲਿ ਬੋਲਿ ਭਉਕਣਾ ਚੂਕਾ ਧਰਮੁ ਬੀਚਾਰੁ ॥ ਜਿਨ ਜੀਵੰਦਿਆ ਪਤਿ ਨਹੀ ਮੁਇਆ ਮੰਦੀ ਸੋਇ ॥ ਲਿਖਿਆ ਹੋਵੈ ਨਾਨਕਾ ਕਰਤਾ ਕਰੇ ਸੁ ਹੋਇ ॥੧॥ ਮਃ ੧ ॥ ਰੰਨਾ ਹੋਈਆ ਬੋਧੀਆ ਪੁਰਸ ਹੋਏ ਸਈਆਦ ॥ ਸੀਲੁ ਸੰਜਮੁ ਸੁਚ ਭੰਨੀ ਖਾਣਾ ਖਾਜੁ ਅਹਾਜੁ ॥ ਸਰਮੁ ਗਇਆ ਘਰਿ ਆਪਣੈ ਪਤਿ ਉਠਿ ਚਲੀ ਨਾਲਿ ॥ ਨਾਨਕ ਸਚਾ ਏਕੁ ਹੈ ਅਉਰੁ ਨ ਸਚਾ ਭਾਲਿ ॥੨॥ ਪਉੜੀ ॥ ਬਾਹਰਿ ਭਸਮ ਲੇਪਨ ਕਰੇ ਅੰਤਰਿ ਗੁਬਾਰੀ ॥ ਖਿੰਥਾ ਝੋਲੀ ਬਹੁ ਭੇਖ ਕਰੇ ਦੁਰਮਤਿ ਅਹੰਕਾਰੀ ॥ ਸਾਹਿਬ ਸਬਦੁ ਨ ਊਚਰੈ ਮਾਇਆ ਮੋਹ ਪਸਾਰੀ ॥ ਅੰਤਰਿ ਲਾਲਚੁ ਭਰਮੁ ਹੈ ਭਰਮੈ ਗਾਵਾਰੀ ॥ ਨਾਨਕ ਨਾਮੁ ਨ ਚੇਤਈ ਜੂਐ ਬਾਜੀ ਹਾਰੀ ॥੧੪॥ ਸਲੋਕ ਮਃ ੧ ॥ ਲਖ ਸਿਉ ਪ੍ਰੀਤਿ ਹੋਵੈ ਲਖ ਜੀਵਣੁ ਕਿਆ ਖੁਸੀਆ ਕਿਆ ਚਾਉ ॥ ਵਿਛੁੜਿਆ ਵਿਸੁ ਹੋਇ ਵਿਛੋੜਾ ਏਕ ਘੜੀ ਮਹਿ ਜਾਇ ॥ ਜੇ ਸਉ ਵਰ੍ਹਿਆ ਮਿਠਾ ਖਾਜੈ ਭੀ ਫਿਰਿ ਕਉੜਾ ਖਾਇ ॥ ਮਿਠਾ ਖਾਧਾ ਚਿਤਿ ਨ ਆਵੈ ਕਉੜਤਣੁ ਧਾਇ ਜਾਇ ॥ ਮਿਠਾ ਕਉੜਾ ਦੋਵੈ ਰੋਗ ॥ ਨਾਨਕ ਅੰਤਿ ਵਿਗੁਤੇ ਭੋਗ ॥ ਝਖਿ ਝਖਿ ਝਖਣਾ ਝਗੜਾ ਝਾਖ ॥ ਝਖਿ ਝਖਿ ਜਾਹਿ ਝਖਹਿ ਤਿਨ੍ ਪਾਸਿ ॥੧॥ ਮਃ ੧ ॥ ਕਾਪੜੁ ਕਾਠੁ ਰੰਗਾਇਆ

ਰਾਂਗਿ ॥ ਘਰ ਗਚ ਕੀਤੇ ਬਾਗੇ ਬਾਗ ॥ ਸਾਦ ਸਹਜ ਕਰਿ ਮਨੁ ਖੇਲਾਇਆ ॥ ਤੈ ਸਹ ਪਾਸਹੁ ਕਹਣੁ ਕਹਾਇਆ ॥ ਮਿਠਾ ਕਰਿ ਕੈ ਕਉੜਾ ਖਾਇਆ ॥ ਤਿਨਿ ਕਉੜੈ ਤਨਿ ਰੋਗੁ ਜਮਾਇਆ ॥ ਜੇ ਫਿਰਿ ਮਿਠਾ ਪੇੜੈ ਪਾਇ ॥ ਤਉ ਕਉੜਤਣੁ ਚੂਕਸਿ ਮਾਇ ॥ ਨਾਨਕ ਗੁਰਮੁਖਿ ਪਾਵੈ ਸੋਇ ॥ ਜਿਸ ਨੋ ਪ੍ਰਾਪਤਿ ਲਿਖਿਆ ਹੋਇ ॥੨॥ ਪਉੜੀ ॥ ਜਿਨ ਕੈ ਹਿਰਦੈ ਮੈਲੁ ਕਪਟੁ ਹੈ ਬਾਹਰੁ ਧੋਵਾਇਆ ॥ ਕੂੜੁ ਕਪਟੁ ਕਮਾਵਦੇ ਕੂੜੁ ਪਰਗਟੀ ਆਇਆ ॥ ਅੰਦਰਿ ਹੋਇ ਸੁ ਨਿਕਲੈ ਨਹ ਛਪੈ ਛਪਾਇਆ ॥ ਕੂੜੈ ਲਾਲਚਿ ਲਗਿਆ ਫਿਰਿ ਜੂਨੀ ਪਾਇਆ ॥ ਨਾਨਕ ਜੋ ਬੀਜੈ ਸੋ ਖਾਵਣਾ ਕਰਤੈ ਲਿਖਿ ਪਾਇਆ ॥੧੫॥

ਸਲੋਕ ਮਃ ੨ ॥ --

ਮਃ ੧ ॥ ਬੇਦੁ ਪੁਕਾਰੇ ਪੁੰਨੁ ਪਾਪੁ ਸੁਰਗ ਨਰਕ ਕਾ ਬੀਉ ॥ ਜੋ ਬੀਜੈ ਸੋ ਉਗਵੈ ਖਾਂਦਾ ਜਾਣੈ ਜੀਉ ॥ ਗਿਆਨੁ ਸਲਾਹੇ ਵਡਾ ਕਰਿ ਸਚੋ ਸਚਾ ਨਾਉ ॥ ਸਚੁ ਬੀਜੈ ਸਚੁ ਉਗਵੈ ਦਰਗਹ ਪਾਈਐ ਥਾਉ ॥ ਬੇਦੁ ਵਪਾਰੀ ਗਿਆਨੁ ਰਾਸਿ ਕਰਮੀ ਪਲੈ ਹੋਇ ॥ ਨਾਨਕ ਰਾਸੀ ਬਾਹਰਾ ਲਦਿ ਨ ਚਲਿਆ ਕੋਇ ॥੨॥ ਪਉੜੀ ॥ ਨਿੰਮੁ ਬਿਰਖੁ ਬਹੁ ਸੰਚੀਐ ਅੰਮ੍ਰਿਤ ਰਸੁ ਪਾਇਆ ॥ ਬਿਸੀਅਰੁ ਮੰਤ੍ਰਿ ਵਿਸਾਹੀਐ ਬਹੁ ਦੂਧੁ ਪੀਆਇਆ ॥ ਮਨਮੁਖੁ ਅਭਿੰਨੁ ਨ ਭਿਜਈ ਪਥਰੁ ਨਾਵਾਇਆ ॥ ਬਿਖੁ ਮਹਿ ਅੰਮ੍ਰਿਤੁ ਸਿੰਚੀਐ ਬਿਖੁ ਕਾ ਫਲੁ ਪਾਇਆ ॥ ਨਾਨਕ ਸੰਗਤਿ ਮੇਲਿ ਹਰਿ ਸਭ ਬਿਖੁ ਲਹਿ ਜਾਇਆ ॥੧੬॥ ਸਲੋਕ ਮਃ ੧ ॥ ਮਰਣਿ ਨ ਮੂਰਤੁ ਪੁਛਿਆ ਪੁਛੀ ਥਿਤਿ ਨ ਵਾਰੁ ॥ ਇਕਨ੍ਹੀ ਲਦਿਆ ਇਕਿ ਲਦਿ ਚਲੇ ਇਕਨ੍ਹੀ ਬਧੇ ਭਾਰ ॥ ਇਕਨ੍ਹਾ ਹੋਈ ਸਾਖਤੀ ਇਕਨ੍ਹਾ ਹੋਈ ਸਾਰ ॥ ਲਸਕਰ ਸਣੇ ਦਮਾਮਿਆ ਛੁਟੇ ਬੰਕ ਦੁਆਰ ॥ ਨਾਨਕ ਢੇਰੀ ਛਾਰੁ ਕੀ ਭੀ ਫਿਰਿ ਹੋਈ ਛਾਰ ॥੧॥ ਮਃ ੧ ॥ ਨਾਨਕ ਢੇਰੀ ਢਹਿ ਪਈ ਮਿਟੀ ਸੰਦਾ ਕੋਟੁ ॥ ਭੀਤਰਿ ਚੋਰੁ ਬਹਾਲਿਆ ਖੋਟੁ ਵੇ ਜੀਆ ਖੋਟੁ ॥੨॥ ਪਉੜੀ ॥ ਜਿਨ ਅੰਦਰਿ ਨਿੰਦਾ ਦੁਸਟੁ ਹੈ ਨਕ ਵਢੇ ਨਕ ਵਢਾਇਆ

॥ ਮਹਾ ਕਰੂਪ ਦੁਖੀਏ ਸਦਾ ਕਾਲੇ ਮੁਹ ਮਾਇਆ ॥ ਭਲਕੇ ਉਠਿ ਨਿਤ ਪਰ ਦਰਬੁ ਹਿਰਹਿ ਹਰਿ ਨਾਮੁ ਚੁਰਾਇਆ ॥ ਹਰਿ ਜੀਉ ਤਿਨ ਕੀ ਸੰਗਤਿ ਮਤ ਕਰਹੁ ਰਖਿ ਲੇਹੁ ਹਰਿ ਰਾਇਆ ॥ ਨਾਨਕ ਪਇਐ ਕਿਰਤਿ ਕਮਾਵਦੇ ਮਨਮੁਖਿ ਦੁਖੁ ਪਾਇਆ ॥੧੭॥

ਸਲੋਕ ਮਃ ੪ ॥ --

ਸਲੋਕ ਮਃ ੧ ॥ ਧਨਵੰਤਾ ਇਵ ਹੀ ਕਹੈ ਅਵਰੀ ਧਨ ਕਉ ਜਾਉ ॥ ਨਾਨਕੁ ਨਿਰਧਨੁ ਤਿਤੁ ਦਿਨਿ ਜਿਤੁ ਦਿਨਿ ਵਿਸਰੈ ਨਾਉ ॥੧॥ ਮਃ ੧ ॥ ਸੂਰਜੁ ਚੜੈ ਵਿਜੋਗਿ ਸਭਸੈ ਘਟੈ ਆਰਜਾ ॥ ਤਨੁ ਮਨੁ ਰਤਾ ਭੋਗਿ ਕੋਈ ਹਾਰੈ ਕੋ ਜਿਣੈ ॥ ਸਭੁ ਕੋ ਭਰਿਆ ਫੂਕਿ ਆਖਣਿ ਕਹਣਿ ਨ ਥੰਮ੍ੀਐ ॥ ਨਾਨਕ ਵੇਖੈ ਆਪਿ ਫੂਕ ਕਢਾਏ ਢਹਿ ਪਵੈ ॥੨॥ ਪਉੜੀ ॥ ਸਤਸੰਗਤਿ ਨਾਮੁ ਨਿਧਾਨੁ ਹੈ ਜਿਥਹੁ ਹਰਿ ਪਾਇਆ ॥ ਗੁਰ ਪਰਸਾਦੀ ਘਟਿ ਚਾਨਣਾ ਆਨ੍ੇਰੁ ਗਵਾਇਆ ॥ ਲੋਹਾ ਪਾਰਸਿ ਭੇਟੀਐ ਕੰਚਨੁ ਹੋਇ ਆਇਆ ॥ ਨਾਨਕ ਸਤਿਗੁਰਿ ਮਿਲਿਐ ਨਾਉ ਪਾਈਐ ਮਿਲਿ ਨਾਮੁ ਧਿਆਇਆ ॥ ਜਿਨ੍ ਕੈ ਪੋਤੈ ਪੁੰਨੁ ਹੈ ਤਿਨ੍ੀ ਦਰਸਨੁ ਪਾਇਆ ॥੧੯॥ ਸਲੋਕ ਮਃ ੧ ॥ ਧ੍ਰਿਗੁ ਤਿਨਾ ਕਾ ਜੀਵਿਆ ਜਿ ਲਿਖਿ ਲਿਖਿ ਵੇਚਹਿ ਨਾਉ ॥ ਖੇਤੀ ਜਿਨ ਕੀ ਉਜੜੈ ਖਲਵਾੜੇ ਕਿਆ ਥਾਉ ॥ ਸਚੈ ਸਰਮੈ ਬਾਹਰੇ ਅਗੈ ਲਹਹਿ ਨ ਦਾਦਿ ॥ ਅਕਲਿ ਏਹ ਨ ਆਖੀਐ ਅਕਲਿ ਗਵਾਈਐ ਬਾਦਿ ॥ ਅਕਲੀ ਸਾਹਿਬੁ ਸੇਵੀਐ ਅਕਲੀ ਪਾਈਐ ਮਾਨੁ ॥ ਅਕਲੀ ਪੜ੍ਿ ਕੈ ਬੁਝੀਐ ਅਕਲੀ ਕੀਚੈ ਦਾਨੁ ॥ ਨਾਨਕੁ ਆਖੈ ਰਾਹੁ ਏਹੁ ਹੋਰਿ ਗਲਾਂ ਸੈਤਾਨੁ ॥੧॥

ਮਃ ੨ ॥ --

ਸਲੋਕ ਮਃ ੧ ॥ ਸਚੁ ਵਰਤੁ ਸੰਤੋਖੁ ਤੀਰਥੁ ਗਿਆਨੁ ਧਿਆਨੁ ਇਸਨਾਨੁ ॥ ਦਇਆ ਦੇਵਤਾ ਖਿਮਾ ਜਪਮਾਲੀ ਤੇ ਮਾਣਸ ਪਰਧਾਨ ॥ ਜੁਗਤਿ ਧੋਤੀ ਸੁਰਤਿ ਚਉਕਾ ਤਿਲਕੁ ਕਰਣੀ ਹੋਇ ॥ ਭਾਉ ਭੋਜਨੁ ਨਾਨਕਾ ਵਿਰਲਾ ਤ ਕੋਈ ਕੋਇ ॥੧॥

ਮਹਲਾ ੩ ॥ ---

ਸਲੋਕ ਮਃ ੧ ॥ ਗਿਆਨ ਵਿਹੂਣਾ ਗਾਵੈ ਗੀਤ ॥ ਭੁਖੇ ਮੁਲਾਂ ਘਰੇ ਮਸੀਤਿ ॥ ਮਖਟੂ ਹੋਇ ਕੈ ਕੰਨ ਪੜਾਏ ॥ ਫਕਰੁ ਕਰੇ ਹੋਰੁ ਜਾਤਿ ਗਵਾਏ ॥ ਗੁਰੁ ਪੀਰੁ ਸਦਾਏ ਮੰਗਣ ਜਾਇ ॥ ਤਾ ਕੈ ਮੂਲਿ ਨ ਲਗੀਐ ਪਾਇ ॥ ਘਾਲਿ ਖਾਇ ਕਿਛੁ ਹਥਹੁ ਦੇਇ ॥ ਨਾਨਕ ਰਾਹੁ ਪਛਾਣਹਿ ਸੇਇ ॥੧॥ ਮਃ ੧ ॥ ਮਨਹੁ ਜਿ ਅੰਧੇ ਕੂਪ ਕਹਿਆ ਬਿਰਦੁ ਨ ਜਾਣਨ੍ੀ ॥ ਮਨਿ ਅੰਧੈ ਊਂਧੈ ਕਵਲਿ ਦਿਸਨ੍ਿ ਖਰੇ ਕਰੂਪ ॥ ਇਕਿ ਕਹਿ ਜਾਣਹਿ ਕਹਿਆ ਬੁਝਹਿ ਤੇ ਨਰ ਸੁਘੜ ਸਰੂਪ ॥ ਇਕਨਾ ਨਾਦ ਨ ਬੇਦ ਨ ਗੀਅ ਰਸੁ ਰਸ ਕਸ ਨ ਜਾਣੰਤਿ ॥ ਇਕਨਾ ਸੁਧਿ ਨ ਬੁਧਿ ਨ ਅਕਲਿ ਸਰ ਅਖਰ ਕਾ ਭੇਉ ਨ ਲਹੰਤਿ ॥ ਨਾਨਕ ਸੇ ਨਰ ਅਸਲਿ ਖਰ ਜਿ ਬਿਨੁ ਗੁਣ ਗਰਬੁ ਕਰੰਤਿ ॥੨॥ ਪਉੜੀ ॥ ਗੁਰਮੁਖਿ ਸਭ ਪਵਿਤੁ ਹੈ ਧਨੁ ਸੰਪੈ ਮਾਇਆ ॥ ਹਰਿ ਅਰਥਿ ਜੋ ਖਰਚਦੇ ਦੇਂਦੇ ਸੁਖੁ ਪਾਇਆ ॥ ਜੋ ਹਰਿ ਨਾਮੁ ਧਿਆਇਦੇ ਤਿਨ ਤੋਟਿ ਨ ਆਇਆ ॥ ਗੁਰਮੁਖਾਂ ਨਦਰੀ ਆਵਦਾ ਮਾਇਆ ਸੁਟਿ ਪਾਇਆ ॥ ਨਾਨਕ ਭਗਤਾਂ ਹੋਰੁ ਚਿਤਿ ਨ ਆਵਈ ਹਰਿ ਨਾਮਿ ਸਮਾਇਆ ॥੨੨॥

ਸਲੋਕ ਮਃ ੪ ॥ ---

ਸਲੋਕ ਮਃ ੩ ॥ ---

ਮਃ ੫ ॥ ---

ਸਲੋਕ ਮਃ ੩ ---

ਮਃ ੪ ॥ --

ਸਲੋਕ ਮਃ ੩ ॥ --

ਮਃ ੫ ॥ --

ਅੰਗ 1251 ਤੋਂ ਰਾਗੁ ਸਾਰੰਗ ਬਾਣੀ ਭਗਤਾਂ ਕੀ ਸੁਰੂ ਹੋ ਜਾਂਦੀ ਹੈ, ਜੋ ਅੰਗ 1253 ਤੱਕ ਹੈ। ਇਸ ਵਿਚ ਬਾਣੀ ਕਬੀਰ ਜੀ, ਸਾਰੰਗ ਬਾਣੀ ਨਾਮਦੇਉ ਜੀ ਕੀ ਅਤੇ ਸਾਰੰਗ ਮਹਲਾ ੫ ਸੂਰਦਾਸ ਬਾਣੀ ਦਰਜ ਹੈ।

ਰਾਗੁ ਮਲਾਰ ਚਉਪਦੇ ਮਹਲਾ ੧

ਅੰਗ 1254 ਤੋਂ ਰਾਗੁ ਮਲਾਰ ਚਉਪਦੇ ਮਹਲਾ ੧ ਬਾਣੀ ਸੁਰੂ ਹੋ ਜਾਂਦੀ ਹੈ, ਜੋ ਅੰਗ 1257 ਤੱਕ ਹੈ।

ਰਾਗੁ ਮਲਾਰ ਚਉਪਦੇ ਮਹਲਾ ੧ ਘਰੁ ੧

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਖਾਣਾ ਪੀਣਾ ਹਸਣਾ ਸਉਣਾ ਵਿਸਰਿ ਗਇਆ ਹੈ ਮਰਣਾ ॥ ਖਸਮੁ ਵਿਸਾਰਿ ਖੁਆਰੀ ਕੀਨੀ ਧ੍ਰਿਗੁ ਜੀਵਣੁ ਨਹੀ ਰਹਣਾ ॥੧॥ ਪ੍ਰਾਣੀ ਏਕੋ ਨਾਮੁ ਧਿਆਵਹੁ ॥ ਅਪਨੀ ਪਤਿ ਸੇਤੀ ਘਰਿ ਜਾਵਹੁ ॥੧॥ ਰਹਾਉ ॥ ਤੁਧਨੋ ਸੇਵਹਿ ਤੁਝੁ ਕਿਆ ਦੇਵਹਿ ਮਾਂਗਹਿ ਲੇਵਹਿ ਰਹਹਿ ਨਹੀ ॥ ਤੂ ਦਾਤਾ ਜੀਆ ਸਭਨਾ ਕਾ ਜੀਆ ਅੰਦਰਿ ਜੀਉ ਤੁਹੀ ॥੨॥ ਗੁਰਮੁਖਿ ਧਿਆਵਹਿ ਸਿ ਅੰਮ੍ਰਿਤੁ ਪਾਵਹਿ ਸੇਈ ਸੂਚੇ ਹੋਹੀ ॥ ਅਹਿਨਿਸਿ ਨਾਮੁ ਜਪਹੁ ਰੇ ਪ੍ਰਾਣੀ ਮੈਲੇ ਹਛੇ ਹੋਹੀ ॥੩॥ ਜੇਹੀ ਰੁਤਿ ਕਾਇਆ ਸੁਖੁ ਤੇਹਾ ਤੇਹੋ ਜੇਹੀ ਦੇਹੀ ॥ ਨਾਨਕ ਰੁਤਿ ਸੁਹਾਵੀ ਸਾਈ ਬਿਨੁ ਨਾਵੈ ਰੁਤਿ ਕੇਹੀ ॥੪॥੧॥ ਮਲਾਰ ਮਹਲਾ ੧ ॥ ਕਰਉ ਬਿਨਉ ਗੁਰ ਅਪਨੇ ਪ੍ਰੀਤਮ ਹਰਿ ਵਰੁ ਆਣਿ ਮਿਲਾਵੈ ॥ ਸੁਣਿ ਘਨ ਘੋਰ ਸੀਤਲੁ ਮਨੁ ਮੋਰਾ ਲਾਲ ਰਤੀ ਗੁਣ ਗਾਵੈ ॥੧॥ ਬਰਸੁ ਘਨਾ ਮੇਰਾ ਮਨੁ ਭੀਨਾ ॥ ਅੰਮ੍ਰਿਤ ਬੂੰਦ ਸੁਹਾਨੀ ਹੀਅਰੈ ਗੁਰਿ ਮੋਹੀ ਮਨੁ ਹਰਿ ਰਸਿ ਲੀਨਾ ॥੧॥ ਰਹਾਉ ॥ ਸਹਜਿ ਸੁਖੀ ਵਰ ਕਾਮਣਿ ਪਿਆਰੀ ਜਿਸੁ ਗੁਰ ਬਚਨੀ ਮਨੁ ਮਾਨਿਆ ॥ ਹਰਿ ਵਰਿ ਨਾਰਿ ਭਈ ਸੋਹਾਗਣਿ ਮਨਿ ਤਨਿ ਪ੍ਰੇਮੁ ਸੁਖਾਨਿਆ ॥੨॥ ਅਵਗਣ ਤਿਆਗਿ ਭਈ ਬੈਰਾਗਨਿ ਅਸਥਿਰੁ ਵਰੁ ਸੋਹਾਗੁ ਹਰੀ ॥ ਸੋਗੁ ਵਿਜੋਗੁ ਤਿਸੁ ਕਦੇ ਨ ਵਿਆਪੈ ਹਰਿ ਪ੍ਰਭਿ ਅਪਣੀ ਕਿਰਪਾ ਕਰੀ ॥੩॥ ਆਵਣ ਜਾਣੁ ਨਹੀ ਮਨੁ ਨਿਹਚਲੁ ਪੂਰੇ ਗੁਰ ਕੀ ਓਟ ਗਹੀ ॥ ਨਾਨਕ ਰਾਮ ਨਾਮੁ ਜਪਿ ਗੁਰਮੁਖਿ ਧਨੁ ਸੋਹਾਗਣਿ ਸਚੁ ਸਹੀ ॥੪॥੨॥

ਮਲਾਰ ਮਹਲਾ ੧ ॥ ਸਾਚੀ ਸੁਰਤਿ ਨਾਮਿ ਨਹੀ ਤ੍ਰਿਪਤੇ ਹਉਮੈ ਕਰਤ ਗਵਾਇਆ ॥ ਪਰ ਧਨ ਪਰ ਨਾਰੀ ਰਤੁ ਨਿੰਦਾ ਬਿਖੁ ਖਾਈ ਦੁਖੁ ਪਾਇਆ ॥ ਸਬਦੁ ਚੀਨਿ ਭੈ ਕਪਟ ਨ ਛੂਟੇ ਮਨਿ ਮੁਖਿ ਮਾਇਆ ਮਾਇਆ ॥ ਅਜਗਰਿ ਭਾਰਿ ਲਦੇ ਅਤਿ ਭਾਰੀ ਮਰਿ ਜਨਮੇ ਜਨਮੁ ਗਵਾਇਆ ॥੧॥ ਮਨਿ ਭਾਵੈ ਸਬਦੁ ਸੁਹਾਇਆ ॥ ਭ੍ਰਮਿ ਭ੍ਰਮਿ ਜੋਨਿ ਭੇਖ ਬਹੁ ਕੀਨ੍ਹੇ ਗੁਰਿ ਰਾਖੇ ਸਚੁ ਪਾਇਆ ॥੧॥ ਰਹਾਉ

॥ ਤੀਰਥਿ ਤੇਜੁ ਨਿਵਾਰਿ ਨ ਨ੍ਹਾਤੇ ਹਰਿ ਕਾ ਨਾਮੁ ਨ ਭਾਇਆ ॥ ਰਤਨ ਪਦਾਰਥੁ ਪਰਹਰਿ ਤਿਆਗਿਆ ਜਤ ਕੋ ਤਤ ਹੀ ਆਇਆ ॥ ਬਿਸਟਾ ਕੀਟ ਭਏ ਉਤ ਹੀ ਤੇ ਉਤ ਹੀ ਮਾਹਿ ਸਮਾਇਆ ॥ ਅਧਿਕ ਸੁਆਦ ਰੋਗ ਅਧਿਕਾਈ ਬਿਨੁ ਗੁਰ ਸਹਜੁ ਨ ਪਾਇਆ ॥੨॥ ਸੇਵਾ ਸੁਰਤਿ ਰਹਸਿ ਗੁਣ ਗਾਵਾ ਗੁਰਮੁਖਿ ਗਿਆਨੁ ਬੀਚਾਰਾ ॥ ਖੋਜੀ ਉਪਜੈ ਬਾਦੀ ਬਿਨਸੈ ਹਉ ਬਲਿ ਬਲਿ ਗੁਰ ਕਰਤਾਰਾ ॥ ਹਮ ਨੀਚ ਹੋਤੇ ਹੀਣਮਤਿ ਝੂਠੇ ਤੂ ਸਬਦਿ ਸਵਾਰਣਹਾਰਾ ॥ ਆਤਮ ਚੀਨਿ ਤਹਾ ਤੂ ਤਾਰਣ ਸਚੁ ਤਾਰੇ ਤਾਰਣਹਾਰਾ ॥੩॥ ਬੈਸਿ ਸੁਥਾਨਿ ਕਹਾਂ ਗੁਣ ਤੇਰੇ ਕਿਆ ਕਿਆ ਕਥਉ ਅਪਾਰਾ ॥ ਅਲਖੁ ਨ ਲਖੀਐ ਅਗਮੁ ਅਜੋਨੀ ਤੂੰ ਨਾਥਾਂ ਨਾਥਣਹਾਰਾ ॥ ਕਿਸੁ ਪਹਿ ਦੇਖਿ ਕਹਉ ਤੂ ਕੈਸਾ ਸਭਿ ਜਾਚਕ ਤੂ ਦਾਤਾਰਾ ॥ ਭਗਤਿਹੀਣੁ ਨਾਨਕੁ ਦਰਿ ਦੇਖਹੁ ਇਕੁ ਨਾਮੁ ਮਿਲੈ ਉਰਿ ਧਾਰਾ ॥੪॥੩॥ ਮਲਾਰ ਮਹਲਾ ੧ ॥ ਜਿਨਿ ਧਨ ਪਿਰ ਕਾ ਸਾਦੁ ਨ ਜਾਨਿਆ ਸਾ ਬਿਲਖ ਬਦਨ ਕੁਮਲਾਨੀ ॥ ਭਈ ਨਿਰਾਸੀ ਕਰਮ ਕੀ ਫਾਸੀ ਬਿਨੁ ਗੁਰ ਭਰਮਿ ਭੁਲਾਨੀ ॥੧॥ ਬਰਸੁ ਘਨਾ ਮੇਰਾ ਪਿਰੁ ਘਰਿ ਆਇਆ ॥ ਬਲਿ ਜਾਵਾਂ ਗੁਰ ਅਪਨੇ ਪ੍ਰੀਤਮ ਜਿਨਿ ਹਰਿ ਪ੍ਰਭੁ ਆਣਿ ਮਿਲਾਇਆ ॥੧॥ ਰਹਾਉ ॥ ਨਉਤਨ ਪ੍ਰੀਤਿ ਸਦਾ ਠਾਕੁਰ ਸਿਉ ਅਨਦਿਨੁ ਭਗਤਿ ਸੁਹਾਵੀ ॥ ਮੁਕਤਿ ਭਏ ਗੁਰ ਦਰਸੁ ਦਿਖਾਇਆ ਜੁਗਿ ਜੁਗਿ ਭਗਤਿ ਸੁਭਾਵੀ ॥੨॥ ਹਮ ਥਾਰੇ ਤ੍ਰਿਭਵਣ ਜਗੁ ਤੁਮਰਾ ਤੂ ਮੇਰਾ ਹਉ ਤੇਰਾ ॥ ਸਤਿਗੁਰਿ ਮਿਲਿਐ ਨਿਰੰਜਨੁ ਪਾਇਆ ਬਹੁਰਿ ਨ ਭਵਜਲਿ ਫੇਰਾ ॥੩॥ ਅਪੁਨੇ ਪਿਰ ਹਰਿ ਦੇਖਿ ਵਿਗਾਸੀ ਤਉ ਧਨ ਸਾਚੁ ਸੀਗਾਰੋ ॥ ਅਕੁਲ ਨਿਰੰਜਨ ਸਿਉ ਸਚਿ ਸਾਚੀ ਗੁਰਮਤਿ ਨਾਮੁ ਅਧਾਰੋ ॥੪॥ ਮੁਕਤਿ ਭਈ ਬੰਧਨ ਗੁਰਿ ਖੋਲ੍ਹੇ ਸਬਦਿ ਸੁਰਤਿ ਪਤਿ ਪਾਈ ॥ ਨਾਨਕ ਰਾਮ ਨਾਮੁ ਰਿਦ ਅੰਤਰਿ ਗੁਰਮੁਖਿ ਮੇਲਿ ਮਿਲਾਈ ॥੫॥੪॥ ਮਹਲਾ ੧ ਮਲਾਰ ॥ ਪਰ ਦਾਰਾ ਪਰ ਧਨੁ ਪਰ ਲੋਭਾ ਹਉਮੈ ਬਿਖੈ ਬਿਕਾਰ ॥ ਦੁਸਟ ਭਾਉ ਤਜਿ ਨਿੰਦ ਪਰਾਈ ਕਾਮੁ ਕ੍ਰੋਧੁ ਚੰਡਾਰ ॥੧॥ ਮਹਲ ਮਹਿ ਬੈਠੇ ਅਗਮ ਅਪਾਰ ॥ ਭੀਤਰਿ ਅੰਮ੍ਰਿਤੁ ਸੋਈ ਜਨੁ ਪਾਵੈ ਜਿਸੁ ਗੁਰ ਕਾ ਸਬਦੁ ਰਤਨੁ ਆਚਾਰ ॥੧॥ ਰਹਾਉ ॥ ਦੁਖ ਸੁਖ ਦੋਊ ਸਮ ਕਰਿ ਜਾਨੈ ਬੁਰਾ ਭਲਾ ਸੰਸਾਰ ॥ ਸੁਧਿ ਬੁਧਿ ਸੁਰਤਿ ਨਾਮਿ ਹਰਿ ਪਾਈਐ ਸਤਸੰਗਤਿ ਗੁਰ ਪਿਆਰ ॥੨॥ ਅਹਿਨਿਸਿ ਲਾਹਾ ਹਰਿ ਨਾਮੁ ਪਰਾਪਤਿ ਗੁਰੁ ਦਾਤਾ ਦੇਵਣਹਾਰੁ ॥ ਗੁਰਮੁਖਿ ਸਿਖ ਸੋਈ ਜਨੁ ਪਾਏ

ਜਿਸ ਨੋ ਨਦਰਿ ਕਰੇ ਕਰਤਾਰੁ ॥੩॥ ਕਾਇਆ ਮਹਲੁ ਮੰਦਰੁ ਘਰੁ ਹਰਿ ਕਾ ਤਿਸੁ ਮਹਿ ਰਾਖੀ ਜੋਤਿ ਅਪਾਰ ॥ ਨਾਨਕ ਗੁਰਮੁਖਿ ਮਹਲਿ ਬੁਲਾਈਐ ਹਰਿ ਮੇਲੇ ਮੇਲਣਹਾਰ ॥੪॥੫॥

ਮਲਾਰ ਮਹਲਾ ੧ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਪਵਣੈ ਪਾਣੀ ਜਾਣੈ ਜਾਤਿ ॥ ਕਾਇਆਂ ਅਗਨਿ ਕਰੇ ਨਿਭਰਾਂਤਿ ॥ ਜੰਮਹਿ ਜੀਅ ਜਾਣੈ ਜੇ ਥਾਉ ॥ ਸੁਰਤਾ ਪੰਡਿਤੁ ਤਾ ਕਾ ਨਾਉ ॥੧॥ ਗੁਣ ਗੋਬਿੰਦ ਨ ਜਾਣੀਅਹਿ ਮਾਇ ॥ ਅਣਡੀਠਾ ਕਿਛੁ ਕਹਣੁ ਨ ਜਾਇ ॥ ਕਿਆ ਕਰਿ ਆਖਿ ਵਖਾਣੀਐ ਮਾਇ ॥੧॥ ਰਹਾਉ ॥ ਊਪਰਿ ਦਰਿ ਅਸਮਾਨਿ ਪਇਆਲਿ ॥ ਕਿਉ ਕਰਿ ਕਹੀਐ ਦੇਹੁ ਵੀਚਾਰਿ ॥ ਬਿਨੁ ਜਿਹਵਾ ਜੋ ਜਪੈ ਹਿਆਇ ॥ ਕੋਈ ਜਾਣੈ ਕੈਸਾ ਨਾਉ ॥੨॥ ਕਥਨੀ ਬਦਨੀ ਰਹੈ ਨਿਭਰਾਂਤਿ ॥ ਸੋ ਬੂਝੈ ਹੋਵੈ ਜਿਸੁ ਦਾਤਿ ॥ ਅਹਿਨਿਸਿ ਅੰਤਰਿ ਰਹੈ ਲਿਵ ਲਾਇ ॥ ਸੋਈ ਪੁਰਖੁ ਜਿ ਸਚਿ ਸਮਾਇ ॥੩॥ ਜਾਤਿ ਕੁਲੀਨੁ ਸੇਵਕੁ ਜੇ ਹੋਇ ॥ ਤਾ ਕਾ ਕਹਣਾ ਕਹਹੁ ਨ ਕੋਇ ॥ ਵਿਚਿ ਸਨਾਤੀਂ ਸੇਵਕੁ ਹੋਇ ॥ ਨਾਨਕ ਪਣ੍ਹੀਆ ਪਹਿਰੈ ਸੋਇ ॥੪॥੧॥੬॥ ਮਲਾਰ ਮਹਲਾ ੧ ॥ ਦੁਖੁ ਵੇਛੋੜਾ ਇਕੁ ਦੁਖੁ ਭੂਖ ॥ ਇਕੁ ਦੁਖੁ ਸਕਤਵਾਰ ਜਮਦੂਤ ॥ ਇਕੁ ਦੁਖੁ ਰੋਗੁ ਲਗੈ ਤਨਿ ਧਾਇ ॥ ਵੈਦ ਨ ਭੋਲੇ ਦਾਰੂ ਲਾਇ ॥੧॥ ਵੈਦ ਨ ਭੋਲੇ ਦਾਰੂ ਲਾਇ ॥ ਦਰਦੁ ਹੋਵੈ ਦੁਖੁ ਰਹੈ ਸਰੀਰ ॥ ਐਸਾ ਦਾਰੂ ਲਗੈ ਨ ਬੀਰ ॥੧॥ ਰਹਾਉ ॥ ਖਸਮੁ ਵਿਸਾਰਿ ਕੀਏ ਰਸ ਭੋਗ ॥ ਤਾਂ ਤਨਿ ਉਠਿ ਖਲੋਏ ਰੋਗ ॥ ਮਨ ਅੰਧੇ ਕਉ ਮਿਲੈ ਸਜਾਇ ॥ ਵੈਦ ਨ ਭੋਲੇ ਦਾਰੂ ਲਾਇ ॥੨॥ ਚੰਦਨ ਕਾ ਫਲੁ ਚੰਦਨ ਵਾਸੁ ॥ ਮਾਣਸੁ ਕਾ ਫਲੁ ਘਟ ਮਹਿ ਸਾਸੁ ॥ ਸਾਸਿ ਗਇਐ ਕਾਇਆ ਢਲਿ ਪਾਇ ॥ ਤਾ ਕੇ ਪਾਛੈ ਕੋਇ ਨ ਖਾਇ ॥੩॥ ਕੰਚਨ ਕਾਇਆ ਨਿਰਮਲ ਹੰਸੁ ॥ ਜਿਸੁ ਮਹਿ ਨਾਮੁ ਨਿਰੰਜਨ ਅੰਸੁ ॥ ਦੂਖ ਰੋਗ ਸਭਿ ਗਇਆ ਗਵਾਇ ॥ ਨਾਨਕ ਛੂਟਸਿ ਸਾਚੈ ਨਾਇ ॥੪॥੨॥੭॥ ਮਲਾਰ ਮਹਲਾ ੧ ॥ ਦੁਖ ਮਹੁਰਾ ਮਾਰਣ ਹਰਿ ਨਾਮੁ ॥ ਸਿਲਾ ਸੰਤੋਖ ਪੀਸਣੁ ਹਥਿ ਦਾਨੁ ॥ ਨਿਤ ਨਿਤ ਲੇਹੁ ਨ ਛੀਜੈ ਦੇਹ ॥ ਅੰਤ ਕਾਲਿ ਜਮੁ ਮਾਰੈ ਠੇਹ ॥੧॥ ਐਸਾ ਦਾਰੂ ਖਾਹਿ

ਗਵਾਰ ॥ ਜਿਤੁ ਖਾਧੈ ਤੇਰੇ ਜਾਹਿ ਵਿਕਾਰ ॥੧॥ ਰਹਾਉ ॥ ਰਾਜੁ ਮਾਲੁ ਜੋਬਨੁ ਸਭੁ ਛਾਂਵ ॥ ਰਥਿ ਫਿਰੰਦੈ ਦੀਸਹਿ ਥਾਵ ॥ ਦੇਹ ਨ ਨਾਉ ਨ ਹੋਵੈ ਜਾਤਿ ॥ ਓਥੈ ਦਿਹੁ ਐਥੈ ਸਭ ਰਾਤਿ ॥੨॥ ਸਾਦ ਕਰਿ ਸਮਧਾਂ ਤ੍ਰਿਸਨਾ ਘਿਉ ਤੇਲੁ ॥ ਕਾਮੁ ਕ੍ਰੋਧੁ ਅਗਨੀ ਸਿਉ ਮੇਲੁ ॥ ਹੋਮ ਜਗ ਅਰੁ ਪਾਠ ਪੁਰਾਣ ॥ ਜੋ ਤਿਸੁ ਭਾਵੈ ਸੋ ਪਰਵਾਣ ॥੩॥ ਤਪੁ ਕਾਗਦੁ ਤੇਰਾ ਨਾਮੁ ਨੀਸਾਨੁ ॥ ਜਿਨ ਕਉ ਲਿਖਿਆ ਇਹੁ ਨਿਧਾਨੁ ॥ ਸੇ ਧਨਵੰਤ ਦਿਸਹਿ ਘਰਿ ਜਾਇ ॥ ਨਾਨਕ ਜਨਨੀ ਧੰਨੀ ਮਾਇ ॥੪॥੩॥੮॥ ਮਲਾਰ ਮਹਲਾ ੧ ॥ ਬਾਗੇ ਕਾਪੜ ਬੋਲੈ ਬੈਣ ॥ ਲੰਮਾ ਨਕੁ ਕਾਲੇ ਤੇਰੇ ਨੈਣ ॥ ਕਬਹੂੰ ਸਾਹਿਬੁ ਦੇਖਿਆ ਭੈਣ ॥੧॥ ਊਡਾਂ ਊਡਿ ਚੜਾਂ ਅਸਮਾਨਿ ॥ ਸਾਹਿਬ ਸੰਮ੍ਰਿਥ ਤੇਰੈ ਤਾਣਿ ॥ ਜਲਿ ਥਲਿ ਡੂੰਗਰਿ ਦੇਖਾਂ ਤੀਰ ॥ ਥਾਨ ਥਨੰਤਰਿ ਸਾਹਿਬੁ ਬੀਰ ॥੨॥ ਜਿਨਿ ਤਨੁ ਸਾਜਿ ਦੀਏ ਨਾਲਿ ਖੰਭ ॥ ਅਤਿ ਤ੍ਰਿਸਨਾ ਉਡਣੈ ਕੀ ਡੰਝ ॥ ਨਦਰਿ ਕਰੇ ਤਾਂ ਬੰਧਾਂ ਧੀਰ ॥ ਜਿਉ ਵੇਖਾਲੇ ਤਿਉ ਵੇਖਾਂ ਬੀਰ ॥੩॥ ਨ ਇਹੁ ਤਨੁ ਜਾਇਗਾ ਨ ਜਾਹਿਗੇ ਖੰਭ ॥ ਪਉਣੈ ਪਾਣੀ ਅਗਨੀ ਕਾ ਸਨਬੰਧ ॥ ਨਾਨਕ ਕਰਮੁ ਹੋਵੈ ਜਪੀਐ ਕਰਿ ਗੁਰੁ ਪੀਰੁ ॥ ਸਚਿ ਸਮਾਵੈ ਏਹੁ ਸਰੀਰੁ ॥੪॥੪॥੯॥

ਅੰਗ 1257 ਤੋਂ ਮਲਾਰ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ 1262 ਤੱਕ ਹੈ।

ਅੰਗ 1262 ਤੋਂ ਰਾਗੁ ਮਲਾਰ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1266 ਤੱਕ ਹੈ।

ਅੰਗ 1266 ਤੋਂ ਰਾਗੁ ਮਲਾਰ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1273 ਤੱਕ ਹੈ।

ਮਲਾਰ ਮਹਲਾ ੧ ਅਸਟਪਦੀਆ

ਅੰਗ 1273 ਤੋਂ ਮਲਾਰ ਮਹਲਾ ੧ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1275 ਤੱਕ ਹੈ।

ਮਲਾਰ ਮਹਲਾ ੧ ਅਸਟਪਦੀਆ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਚਕਵੀ ਨੈਨ ਨੀਂਦ ਨਹਿ ਚਾਹੈ ਬਿਨੁ ਪਿਰ ਨੀਂਦ ਨ ਪਾਈ ॥ ਸੂਰੁ ਚਰ੍ਹੈ ਪ੍ਰਿਉ ਦੇਖੈ ਨੈਨੀ ਨਿਵਿ ਨਿਵਿ ਲਾਗੈ ਪਾਂਈ ॥੧॥ ਪਿਰ ਭਾਵੈ ਪ੍ਰੇਮੁ ਸਖਾਈ ॥ ਤਿਸੁ ਬਿਨੁ ਘੜੀ ਨਹੀ ਜਗਿ ਜੀਵਾ ਐਸੀ ਪਿਆਸ ਤਿਸਾਈ ॥੧॥ ਰਹਾਉ ॥ ਸਰਵਰਿ ਕਮਲੁ ਕਿਰਣਿ ਆਕਾਸੀ ਬਿਗਸੈ ਸਹਜਿ ਸੁਭਾਈ ॥ ਪ੍ਰੀਤਮ ਪ੍ਰੀਤਿ ਬਨੀ ਅਭ ਐਸੀ ਜੋਤੀ ਜੋਤਿ ਮਿਲਾਈ ॥੨॥ ਚਾਤ੍ਰਿਕੁ ਜਲ ਬਿਨੁ ਪ੍ਰਿਉ ਪ੍ਰਿਉ ਟੇਰੈ ਬਿਲਪ ਕਰੈ ਬਿਲਲਾਈ ॥ ਘਨਹਰ ਘੋਰ ਦਸੌ ਦਿਸਿ ਬਰਸੈ ਬਿਨੁ ਜਲ ਪਿਆਸ ਨ ਜਾਈ ॥੩॥ ਮੀਨ ਨਿਵਾਸ ਉਪਜੈ ਜਲ ਹੀ ਤੇ ਸੁਖ ਦੁਖ ਪੁਰਬਿ ਕਮਾਈ ॥ ਖਿਨੁ ਤਿਲੁ ਰਹਿ ਨ ਸਕੈ ਪਲੁ ਜਲ ਬਿਨੁ ਮਰਨੁ ਜੀਵਨੁ ਤਿਸੁ ਤਾਂਈ ॥੪॥ ਧਨ ਵਾਂਢੀ ਪਿਰੁ ਦੇਸ ਨਿਵਾਸੀ ਸਚੇ ਗੁਰ ਪਹਿ ਸਬਦ ਪਠਾਈਂ ॥ ਗੁਣ ਸੰਗ੍ਰਹਿ ਪ੍ਰਭੁ ਰਿਦੈ ਨਿਵਾਸੀ ਭਗਤਿ ਰਤੀ ਹਰਖਾਈ ॥੫॥ ਪ੍ਰਿਉ ਪ੍ਰਿਉ ਕਰੈ ਸਭੈ ਹੈ ਜੇਤੀ ਗੁਰ ਭਾਵੈ ਪ੍ਰਿਉ ਪਾਈਂ ॥ ਪ੍ਰਿਉ ਨਾਲੇ ਸਦ ਹੀ ਸਚਿ ਸੰਗੇ ਨਦਰੀ ਮੇਲਿ ਮਿਲਾਈ ॥੬॥ ਸਭ ਮਹਿ ਜੀਉ ਜੀਉ ਹੈ ਸੋਈ ਘਟਿ ਘਟਿ ਰਹਿਆ ਸਮਾਈ ॥ ਗੁਰ ਪਰਸਾਦਿ ਘਰ ਹੀ ਪਰਗਾਸਿਆ ਸਹਜੇ ਸਹਜਿ ਸਮਾਈ ॥੭॥ ਅਪਨਾ ਕਾਜੁ ਸਵਾਰਹੁ ਆਪੇ ਸੁਖਦਾਤੇ ਗੋਸਾਂਈਂ ॥ ਗੁਰ ਪਰਸਾਦਿ ਘਰ ਹੀ ਪਿਰੁ ਪਾਇਆ ਤਉ ਨਾਨਕ ਤਪਤਿ ਬੁਝਾਈ ॥੮॥੧॥ ਮਲਾਰ ਮਹਲਾ ੧ ॥ ਜਾਗਤੁ ਜਾਗਿ ਰਹੈ ਗੁਰ ਸੇਵਾ ਬਿਨੁ ਹਰਿ ਮੈ ਕੋ ਨਾਹੀ ॥ ਅਨਿਕ ਜਤਨ ਕਰਿ ਰਹਣੁ ਨ ਪਾਵੈ ਆਚੁ ਕਾਚੁ ਢਰਿ ਪਾਂਹੀ ॥੧॥ ਇਸੁ ਤਨ ਧਨ ਕਾ

ਕਹਹੁ ਗਰਬੁ ਕੈਸਾ ॥ ਬਿਨਸਤ ਬਾਰ ਨ ਲਾਗੈ ਬਵਰੇ ਹਉਮੈ ਗਰਬਿ ਖਪੈ ਜਗੁ ਐਸਾ ॥੧॥ ਰਹਾਉ ॥ ਜੈ ਜਗਦੀਸ ਪ੍ਰਭੂ ਰਖਵਾਰੇ ਰਾਖੈ ਪਰਖੈ ਸੋਈ ॥ ਜੇਤੀ ਹੈ ਤੇਤੀ ਤੁਝ ਹੀ ਤੇ ਤੁਮ੍ ਸਰਿ ਅਵਰੁ ਨ ਕੋਈ ॥੨॥ ਜੀਅ ਉਪਾਇ ਜੁਗਤਿ ਵਸਿ ਕੀਨੀ ਆਪੇ ਗੁਰਮੁਖਿ ਅੰਜਨੁ ॥ ਅਮਰੁ ਅਨਾਥ ਸਰਬ ਸਿਰਿ ਮੋਰਾ ਕਾਲ ਬਿਕਾਲ ਭਰਮ ਭੈ ਖੰਜਨੁ ॥੩॥ ਕਾਗਦ ਕੋਟੁ ਇਹੁ ਜਗੁ ਹੈ ਬਪੁਰੋ ਰੰਗਨਿ ਚਿਹਨ ਚਤੁਰਾਈ ॥ ਨਾਨ੍ਹੀ ਸੀ ਬੂੰਦ ਪਵਨੁ ਪਤਿ ਖੋਵੈ ਜਨਮਿ ਮਰੈ ਖਿਨੁ ਤਾਈਂ ॥੪॥ ਨਦੀ ਉਪਕੰਠਿ ਜੈਸੇ ਘਰੁ ਤਰਵਰੁ ਸਰਪਨਿ ਘਰੁ ਘਰ ਮਾਹੀ ॥ ਉਲਟੀ ਨਦੀ ਕਹਾਂ ਘਰੁ ਤਰਵਰੁ ਸਰਪਨਿ ਡਸੈ ਦੂਜਾ ਮਨ ਮਾਂਹੀ ॥੫॥ ਗਾਰੁੜ ਗੁਰ ਗਿਆਨੁ ਧਿਆਨੁ ਗੁਰ ਬਚਨੀ ਬਿਖਿਆ ਗੁਰਮਤਿ ਜਾਰੀ ॥ ਮਨ ਤਨ ਹੇਂਵ ਭਏ ਸਚੁ ਪਾਇਆ ਹਰਿ ਕੀ ਭਗਤਿ ਨਿਰਾਰੀ ॥੬॥ ਜੇਤੀ ਹੈ ਤੇਤੀ ਤੁਧੁ ਜਾਚੈ ਤੂ ਸਰਬ ਜੀਆਂ ਦਇਆਲਾ ॥ ਤੁਮ੍ਰੀ ਸਰਣਿ ਪਰੇ ਪਤਿ ਰਾਖਹੁ ਸਾਚੁ ਮਿਲੈ ਗੋਪਾਲਾ ॥੭॥ ਬਾਧੀ ਧੰਧਿ ਅੰਧ ਨਹੀ ਸੂਝੈ ਬਧਿਕ ਕਰਮ ਕਮਾਵੈ ॥ ਸਤਿਗੁਰ ਮਿਲੈ ਤ ਸੂਝਸਿ ਬੂਝਸਿ ਸਚ ਮਨਿ ਗਿਆਨੁ ਸਮਾਵੈ ॥੮॥ ਨਿਰਗੁਣ ਦੇਹ ਸਾਚ ਬਿਨੁ ਕਾਚੀ ਮੈ ਪੂਛਉ ਗੁਰੁ ਅਪਨਾ ॥ ਨਾਨਕ ਸੋ ਪ੍ਰਭੁ ਪ੍ਰਭੂ ਦਿਖਾਵੈ ਬਿਨੁ ਸਾਚੇ ਜਗੁ ਸੁਪਨਾ ॥੯॥੨॥ ਮਲਾਰ ਮਹਲਾ ੧ ॥ ਚਾਤ੍ਰਿਕ ਮੀਨ ਜਲ ਹੀ ਤੇ ਸੁਖੁ ਪਾਵਹਿ ਸਾਰਿੰਗ ਸਬਦਿ ਸੁਹਾਈ ॥੧॥ ਰੈਨਿ ਬਬੀਹਾ ਬੋਲਿਓ ਮੇਰੀ ਮਾਈ ॥੧॥ ਰਹਾਉ ॥ ਪ੍ਰਿਅ ਸਿਉ ਪ੍ਰੀਤਿ ਨ ਉਲਟੈ ਕਬਹੂ ਜੋ ਤੈ ਭਾਵੈ ਸਾਈ ॥੨॥ ਨੀਦ ਗਈ ਹਉਮੈ ਤਨਿ ਥਾਕੀ ਸਚ ਮਤਿ ਰਿਦੈ ਸਮਾਈ ॥੩॥ ਰੂਖੀਂ ਬਿਰਖੀਂ ਊਡਉ ਭੂਖਾ ਪੀਵਾ ਨਾਮੁ ਸੁਭਾਈ ॥੪॥ ਲੋਚਨ ਤਾਰ ਲਲਤਾ ਬਿਲਲਾਤੀ ਦਰਸਨ ਪਿਆਸ ਰਜਾਈ ॥੫॥ ਪ੍ਰਿਅ ਬਿਨੁ ਸੀਗਾਰੁ ਕਰੀ ਤੇਤਾ ਤਨੁ ਤਾਪੈ ਕਾਪਰੁ ਅੰਗਿ ਨ ਸੁਹਾਈ ॥੬॥ ਅਪਨੇ ਪਿਆਰੇ ਬਿਨੁ ਇਕੁ ਖਿਨੁ ਰਹਿ ਨ ਸਕੰਉ ਬਿਨ ਮਿਲੇ ਨੀਂਦ ਨ ਪਾਈ ॥੭॥ ਪਿਰੁ ਨਜੀਕਿ ਨ ਬੂਝੈ ਬਪੁੜੀ ਸਤਿਗੁਰਿ ਦੀਆ ਦਿਖਾਈ ॥੮॥ ਸਹਜਿ ਮਿਲਿਆ ਤਬ ਹੀ ਸੁਖੁ ਪਾਇਆ ਤ੍ਰਿਸਨਾ ਸਬਦਿ ਬੁਝਾਈ ॥੯॥ ਕਹੁ ਨਾਨਕ ਤੁਝ ਤੇ ਮਨੁ ਮਾਨਿਆ ਕੀਮਤਿ ਕਹਨੁ ਨ ਜਾਈ ॥੧●॥੩॥

ਮਲਾਰ ਮਹਲਾ ੧ ਅਸਟਪਦੀਆ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਅਖਲੀ ਊਂਡੀ ਜਲੁ ਭਰ ਨਾਲਿ ॥ ਡੂਗਰੁ ਊਚਉ ਗੜੁ ਪਾਤਾਲਿ ॥ ਸਾਗਰੁ ਸੀਤਲੁ ਗੁਰ ਸਬਦ ਵੀਚਾਰਿ ॥ ਮਾਰਗੁ ਮੁਕਤਾ ਹਉਮੈ ਮਾਰਿ ॥੧॥ ਮੈ ਅੰਧੁਲੇ ਨਾਵੈ ਕੀ ਜੋਤਿ ॥ ਨਾਮ ਅਧਾਰਿ ਚਲਾ ਗੁਰ ਕੈ ਭੈ ਭੇਤਿ ॥੧॥ ਰਹਾਉ ॥ ਸਤਿਗੁਰ ਸਬਦੀ ਪਾਧਰੁ ਜਾਣਿ ॥ ਗੁਰ ਕੈ ਤਕੀਐ ਸਾਚੈ ਤਾਣਿ ॥ ਨਾਮੁ ਸਮ੍ਹਾਲਸਿ ਰੂੜ੍ਹੀ ਬਾਣਿ ॥ ਥੈਂ ਭਾਵੈ ਦਰੁ ਲਹਸਿ ਪਿਰਾਣਿ ॥੨॥ ਊਡਾਂ ਬੈਸਾ ਏਕ ਲਿਵ ਤਾਰ ॥ ਗੁਰ ਕੈ ਸਬਦਿ ਨਾਮ ਆਧਾਰ ॥ ਨਾ ਜਲੁ ਡੂੰਗਰੁ ਨ ਊਚੀ ਧਾਰ ॥ ਨਿਜ ਘਰਿ ਵਾਸਾ ਤਹ ਮਗੁ ਨ ਚਾਲਣਹਾਰ ॥੩॥ ਜਿਤੁ ਘਰਿ ਵਸਹਿ ਤੂਹੈ ਬਿਧਿ ਜਾਣਹਿ ਬੀਜਉ ਮਹਲੁ ਨ ਜਾਪੈ ॥ ਸਤਿਗੁਰ ਬਾਝਹੁ ਸਮਝ ਨ ਹੋਵੀ ਸਭੁ ਜਗੁ ਦਬਿਆ ਛਾਪੈ ॥ ਕਰਣ ਪਲਾਵ ਕਰੈ ਬਿਲਲਾਤਉ ਬਿਨੁ ਗੁਰ ਨਾਮੁ ਨ ਜਾਪੈ ॥ ਪਲ ਪੰਕਜ ਮਹਿ ਨਾਮੁ ਛਡਾਏ ਜੇ ਗੁਰ ਸਬਦੁ ਸਿਞਾਪੈ ॥੪॥ ਇਕਿ ਮੂਰਖ ਅੰਧੇ ਮੁਗਧ ਗਵਾਰ ॥ ਇਕਿ ਸਤਿਗੁਰ ਕੈ ਭੈ ਨਾਮ ਅਧਾਰ ॥ ਸਾਚੀ ਬਾਣੀ ਮੀਠੀ ਅੰਮ੍ਰਿਤ ਧਾਰ ॥ ਜਿਨਿ ਪੀਤੀ ਤਿਸੁ ਮੋਖ ਦੁਆਰ ॥੫॥ ਨਾਮੁ ਭੈ ਭਾਇ ਰਿਦੈ ਵਸਾਹੀ ਗੁਰ ਕਰਣੀ ਸਚੁ ਬਾਣੀ ॥ ਇੰਦੁ ਵਰਸੈ ਧਰਤਿ ਸੁਹਾਵੀ ਘਟਿ ਘਟਿ ਜੋਤਿ ਸਮਾਣੀ ॥ ਕਾਲਰਿ ਬੀਜਸਿ ਦੁਰਮਤਿ ਐਸੀ ਨਿਗੁਰੇ ਕੀ ਨਿਸਾਣੀ ॥ ਸਤਿਗੁਰ ਬਾਝਹੁ ਘੋਰ ਅੰਧਾਰਾ ਡੂਬਿ ਮੁਏ ਬਿਨੁ ਪਾਣੀ ॥੬॥ ਜੋ ਕਿਛੁ ਕੀਨੋ ਸੁ ਪ੍ਰਭੂ ਰਜਾਇ ॥ ਜੋ ਧੁਰਿ ਲਿਖਿਆ ਸੁ ਮੇਟਣਾ ਨ ਜਾਇ ॥ ਹੁਕਮੇ ਬਾਧਾ ਕਾਰ ਕਮਾਇ ॥ ਏਕ ਸਬਦਿ ਰਾਚੈ ਸਚਿ ਸਮਾਇ ॥੭॥ ਚਹੁ ਦਿਸਿ ਹੁਕਮੁ ਵਰਤੈ ਪ੍ਰਭ ਤੇਰਾ ਚਹੁ ਦਿਸਿ ਨਾਮ ਪਤਾਲੰ ॥ ਸਭ ਮਹਿ ਸਬਦੁ ਵਰਤੈ ਪ੍ਰਭ ਸਾਚਾ ਕਰਮਿ ਮਿਲੈ ਬੈਆਲੰ ॥ ਜਾਂਮਣੁ ਮਰਣਾ ਦੀਸੈ ਸਿਰਿ ਊਭੌ ਖੁਧਿਆ ਨਿਦ੍ਰਾ ਕਾਲੰ ॥ ਨਾਨਕ ਨਾਮੁ ਮਿਲੈ ਮਨਿ ਭਾਵੈ ਸਾਚੀ ਨਦਰਿ ਰਸਾਲੰ ॥੮॥੧॥੪॥ ਮਲਾਰ ਮਹਲਾ ੧ ॥ ਮਰਣ ਮੁਕਤਿ ਗਤਿ ਸਾਰ ਨ ਜਾਨੈ ॥ ਕੰਠੇ ਬੈਠੀ ਗੁਰ ਸਬਦਿ ਪਛਾਨੈ ॥੧॥ ਤੂ ਕੈਸੇ ਆੜਿ ਫਾਥੀ ਜਾਲਿ ॥ ਅਲਖੁ ਨ ਜਾਚਹਿ ਰਿਦੈ ਸਮ੍ਹਾਲਿ ॥੧॥ ਰਹਾਉ ॥ ਏਕ ਜੀਅ ਕੈ ਜੀਆ ਖਾਹੀ ॥ ਜਲਿ

ਤਰਤੀ ਬੂਡੀ ਜਲ ਮਾਹੀ ॥੨॥ ਸਰਬ ਜੀਅ ਕੀਏ ਪ੍ਰਤਪਾਨੀ ॥ ਜਬ ਪਕੜੀ ਤਬ ਹੀ ਪਛੁਤਾਨੀ ॥੩॥ ਜਬ ਗਲਿ ਫਾਸ ਪੜੀ ਅਤਿ ਭਾਰੀ ॥ ਉਡਿ ਨ ਸਾਕੈ ਪੰਖ ਪਸਾਰੀ ॥੪॥ ਰਸਿ ਚੂਗਹਿ ਮਨਮੁਖਿ ਗਾਵਾਰਿ ॥ ਫਾਥੀ ਛੂਟਹਿ ਗੁਣ ਗਿਆਨ ਬੀਚਾਰਿ ॥੫॥ ਸਤਿਗੁਰੁ ਸੇਵਿ ਤੂਟੈ ਜਮਕਾਲੁ ॥ ਹਿਰਦੈ ਸਾਚਾ ਸਬਦੁ ਸਮ੍ਹਾਲੁ ॥੬॥ ਗੁਰਮਤਿ ਸਾਚੀ ਸਬਦੁ ਹੈ ਸਾਰੁ ॥ ਹਰਿ ਕਾ ਨਾਮੁ ਰਖੈ ਉਰਿ ਧਾਰਿ ॥੭॥ ਸੇ ਦੁਖ ਆਗੈ ਜਿ ਭੋਗ ਬਿਲਾਸੇ ॥ ਨਾਨਕ ਮੁਕਤਿ ਨਹੀ ਬਿਨੁ ਨਾਵੈ ਸਾਚੇ ॥੮॥੨॥੫॥

ਅੰਗ 1276 ਤੋਂ ਮਲਾਰ ਮਹਲਾ ੩ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1278 ਤੱਕ ਹੈ।

ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ

ਅੰਗ 1278 ਤੋਂ ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1291 ਤੱਕ ਹੈ। ਇਸ ਵਾਰ ਵਿਚ ਪਹਿਲੇ ਪਾਤਸ਼ਾਹ, ਦੂਜੇ ਪਾਤਸ਼ਾਹ, ਤੀਜੇ ਪਾਤਸ਼ਾਹ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਦਰਜ ਹੈ।

ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ ॥ ੧ੳ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੩ ॥---

ਮਹਲਾ ੧ ॥ ਹੇਕੋ ਪਾਧਰੁ ਹੇਕੁ ਦਰੁ ਗੁਰ ਪਉੜੀ ਨਿਜ ਥਾਨੁ ॥ ਰੂੜਉ ਠਾਕੁਰੁ ਨਾਨਕਾ ਸਭਿ ਸੁਖ ਸਾਚਉ ਨਾਮੁ ॥੨॥ ਪਉੜੀ ॥ ਆਪੀਨੈ੍ ਆਪੁ ਸਾਜਿ ਆਪੁ ਪਛਾਣਿਆ ॥ ਅੰਬਰੁ ਧਰਤਿ ਵਿਛੋੜਿ ਚੰਦੋਆ ਤਾਣਿਆ ॥ ਵਿਣੁ ਥੰਮ੍ਾ ਗਗਨੁ ਰਹਾਇ ਸਬਦੁ ਨੀਸਾਣਿਆ ॥ ਸੂਰਜੁ ਚੰਦੁ ਉਪਾਇ ਜੋਤਿ ਸਮਾਣਿਆ ॥ ਕੀਏ ਰਾਤਿ ਦਿਨੰਤੁ ਚੋਜ ਵਿਡਾਣਿਆ ॥ ਤੀਰਥ ਧਰਮ ਵੀਚਾਰ ਨਾਵਣ ਪੁਰਬਾਣਿਆ ॥ ਤੁਧੁ ਸਰਿ ਅਵਰੁ ਨ ਕੋਇ ਕਿ ਆਖਿ ਵਖਾਣਿਆ ॥ ਸਚੈ ਤਖਤਿ ਨਿਵਾਸੁ ਹੋਰ ਆਵਣ ਜਾਣਿਆ ॥੧॥ ਸਲੋਕ ਮਃ ੧ ॥ ਨਾਨਕ ਸਾਵਣਿ ਜੇ ਵਸੈ ਚਹੁ ਓਮਾਹਾ ਹੋਇ ॥ ਨਾਗਾਂ ਮਿਰਗਾਂ ਮਛੀਆਂ ਰਸੀਆਂ ਘਰਿ ਧਨੁ ਹੋਇ ॥੧॥ ਮਃ ੧ ॥ ਨਾਨਕ ਸਾਵਣਿ ਜੇ ਵਸੈ ਚਹੁ ਵੇਛੋੜਾ ਹੋਇ ॥ ਗਾਈ ਪੁਤਾ ਨਿਰਧਨਾ ਪੰਥੀ ਚਾਕਰੁ ਹੋਇ ॥੨॥ ਪਉੜੀ ॥ ਤੂ ਸਚਾ ਸਚਿਆਰੁ ਜਿਨਿ ਸਚੁ ਵਰਤਾਇਆ ॥ ਬੈਠਾ ਤਾੜੀ ਲਾਇ ਕਵਲੁ ਛਪਾਇਆ ॥ ਬ੍ਰਹਮੈ ਵਡਾ ਕਹਾਇ ਅੰਤੁ ਨ ਪਾਇਆ ॥ ਨਾ ਤਿਸੁ ਬਾਪੁ ਨ ਮਾਇ ਕਿਨਿ ਤੂ ਜਾਇਆ ॥ ਨਾ ਤਿਸੁ ਰੂਪੁ ਨ ਰੇਖ ਵਰਨ ਸਬਾਇਆ ॥ ਨਾ ਤਿਸੁ ਭੁਖ ਪਿਆਸ ਰਜਾ ਧਾਇਆ ॥ ਗੁਰ ਮਹਿ ਆਪੁ ਸਮੋਇ ਸਬਦੁ ਵਰਤਾਇਆ ॥ ਸਚੇ ਹੀ ਪਤੀਆਇ ਸਚਿ ਸਮਾਇਆ ॥੨॥ ਸਲੋਕ ਮਃ ੧ ॥ ਵੈਦੁ ਬੁਲਾਇਆ ਵੈਦਗੀ ਪਕੜਿ ਢੰਢੋਲੇ ਬਾਂਹ ॥ ਭੋਲਾ ਵੈਦੁ ਨ ਜਾਣਈ ਕਰਕ ਕਲੇਜੇ ਮਾਹਿ ॥੧॥

ਮਃ ੨ ॥ --

ਸਲੋਕ ਮਃ ੩ ॥ --

ਸਲੋਕ ਮਃ ੫ ॥ --

ਸਲੋਕ ਮਃ ੩ ॥ --

ਸਲੋਕ ਮਃ ੧ ॥ ਕੁਲਹਾਂ ਦੇਂਦੇ ਬਾਵਲੇ ਲੈਂਦੇ ਵਡੇ ਨਿਲਜ ॥ ਚੂਹਾ ਖਡ ਨ ਮਾਵਈ ਤਿਕਲਿ ਬੰਨ੍ਹੈ ਛਜ ॥ ਦੇਨ੍ਹਿ ਦੁਆਈ ਸੇ ਮਰਹਿ ਜਿਨ ਕਉ ਦੇਨਿ ਸਿ ਜਾਹਿ ॥ ਨਾਨਕ ਹੁਕਮੁ ਨ ਜਾਪਈ ਕਿਥੈ ਜਾਇ ਸਮਾਹਿ ॥ ਫਸਲਿ ਅਹਾੜੀ ਏਕੁ ਨਾਮੁ ਸਾਵਣੀ ਸਚੁ ਨਾਉ ॥ ਮੈ ਮਹਦੂਦੁ ਲਿਖਾਇਆ ਖਸਮੈ ਕੈ ਦਰਿ ਜਾਇ ॥ ਦੁਨੀਆ ਕੇ ਦਰ ਕੇਤੜੇ ਕੇਤੇ ਆਵਹਿ ਜਾਂਹਿ ॥ ਕੇਤੇ ਮੰਗਹਿ ਮੰਗਤੇ ਕੇਤੇ ਮੰਗਿ ਮੰਗਿ ਜਾਹਿ ॥੧॥ ਮਃ ੧ ॥ ਸਉ ਮਣੁ ਹਸਤੀ ਘਿਉ ਗੁੜੁ ਖਾਵੈ ਪੰਜਿ ਸੈ ਦਾਣਾ ਖਾਇ ॥ ਡਕੈ ਫੂਕੈ ਖੇਹ ਉਡਾਵੈ ਸਾਹਿ ਗਇਐ ਪਛੁਤਾਇ ॥ ਅੰਧੀ ਫੂਕਿ ਮੁਈ ਦੇਵਾਨੀ ॥ ਖਸਮਿ ਮਿਟੀ ਫਿਰਿ ਭਾਨੀ ॥ ਅਧੁ ਗੁਲ੍ਹਾ ਚਿੜੀ ਕਾ ਚੁਗਣੁ ਗੈਣਿ ਚੜੀ ਬਿਲਲਾਇ ॥ ਖਸਮੈ ਭਾਵੈ ਓਹਾ ਚੰਗੀ ਜਿ ਕਰੇ ਖੁਦਾਇ ਖੁਦਾਇ ॥ ਸਕਤਾ ਸੀਹੁ ਮਾਰੇ ਸੈ ਮਿਰਿਆ ਸਭ ਪਿਛੈ ਪੈ ਖਾਇ ॥ ਹੋਇ ਸਤਾਣਾ ਘੁਰੈ ਨ ਮਾਵੈ ਸਾਹਿ ਗਇਐ ਪਛੁਤਾਇ ॥ ਅੰਧਾ ਕਿਸ ਨੋ ਬੁਕਿ ਸੁਣਾਵੈ ॥ ਖਸਮੈ ਮੂਲਿ ਨ ਭਾਵੈ ॥ ਅਕ ਸਿਉ ਪ੍ਰੀਤਿ ਕਰੇ ਅਕ ਤਿਡਾ ਅਕ ਡਾਲੀ ਬਹਿ ਖਾਇ ॥ ਖਸਮੈ ਭਾਵੈ ਓਹੋ ਚੰਗਾ ਜਿ ਕਰੇ ਖੁਦਾਇ ਖੁਦਾਇ ॥ ਨਾਨਕ ਦੁਨੀਆ ਚਾਰਿ ਦਿਹਾੜੇ ਸੁਖਿ ਕੀਤੈ ਦੁਖੁ ਹੋਈ ॥ ਗਲਾ ਵਾਲੇ ਹੈਨਿ ਘਣੇਰੇ ਛਡਿ ਨ ਸਕੈ ਕੋਈ ॥ ਮਖੀ ਮਿਠੈ ਮਰਣਾ ॥ ਜਿਨ ਤੂ ਰਖਹਿ ਤਿਨ ਨੇੜਿ ਨ ਆਵੈ ਤਿਨ ਭਉ ਸਾਗਰੁ ਤਰਣਾ ॥੨॥ ਪਉੜੀ ॥ ਅਗਮ ਅਗੋਚਰੁ ਤੂ ਧਣੀ ਸਚਾ ਅਲਖ ਅਪਾਰੁ ॥ ਤੂ ਦਾਤਾ ਸਭਿ ਮੰਗਤੇ ਇਕੋ ਦੇਵਣਹਾਰੁ ॥ ਜਿਨੀ ਸੇਵਿਆ ਤਿਨੀ ਸੁਖੁ ਪਾਇਆ ਗੁਰਮਤੀ ਵੀਚਾਰੁ ॥ ਇਕਨਾ ਨੋ ਤੁਧੁ ਏਵੈ ਭਾਵਦਾ ਮਾਇਆ ਨਾਲਿ ਪਿਆਰੁ ॥ ਗੁਰ ਕੈ ਸਬਦਿ ਸਲਾਹੀਐ ਅੰਤਰਿ ਪ੍ਰੇਮ ਪਿਆਰੁ ॥ ਵਿਣੁ ਪ੍ਰੀਤੀ ਭਗਤਿ ਨ ਹੋਵਈ ਵਿਣੁ ਸਤਿਗੁਰ ਨ ਲਗੈ ਪਿਆਰੁ ॥ ਤੂ ਪ੍ਰਭੁ ਸਭਿ ਤੁਧੁ ਸੇਵਦੇ ਇਕ ਢਾਢੀ ਕਰੇ ਪੁਕਾਰ ॥ ਦੇਹਿ ਦਾਨੁ ਸੰਤੋਖੀਆ ਸਚਾ ਨਾਮੁ ਮਿਲੈ ਆਧਾਰੁ ॥੧੯॥ ਸਲੋਕ ਮਃ ੧ ॥ ਰਾਤੀ ਕਾਲੁ ਘਟੈ ਦਿਨਿ ਕਾਲੁ ॥ ਛਿਜੈ ਕਾਇਆ ਹੋਇ ਪਰਾਲੁ ॥ ਵਰਤਣਿ ਵਰਤਿਆ ਸਰਬ ਜੰਜਾਲੁ ॥ ਭੁਲਿਆ ਚੁਕਿ ਗਇਆ ਤਪ ਤਾਲੁ ॥ ਅੰਧਾ ਝਖਿ ਝਖਿ ਪਇਆ ਝੇਰਿ ॥ ਪਿਛੈ ਰੋਵਹਿ ਲਿਆਵਹਿ ਫੇਰਿ ॥ ਬਿਨੁ ਬੂਝੇ ਕਿਛੁ ਸੂਝੈ ਨਾਹੀ ॥ ਮੋਇਆ ਰੋਂਹਿ ਰੋਂਦੇ ਮਰਿ ਜਾਂਹੀ ॥ ਨਾਨਕ ਖਸਮੈ ਏਵੈ ਭਾਵੈ ॥ ਸੇਈ ਮੁਏ ਜਿਨਿ ਚਿਤਿ ਨ ਆਵੈ

॥੧॥ ਮਃ ੧ ॥ ਮੁਆ ਪਿਆਰੁ ਪ੍ਰੀਤਿ ਮੁਈ ਮੁਆ ਵੈਰੁ ਵਾਦੀ ॥ ਵੰਨੁ ਗਇਆ ਰੂਪੁ ਵਿਣਸਿਆ ਦੁਖੀ ਦੇਹ ਰੁਲੀ ॥ ਕਿਥਹੁ
ਆਇਆ ਕਹ ਗਇਆ ਕਿਹੁ ਨ ਸੀਓ ਕਿਹੁ ਸੀ ॥ ਮਨਿ ਮੁਖਿ ਗਲਾ ਗੋਈਆ ਕੀਤਾ ਚਾਉ ਰਲੀ ॥ ਨਾਨਕ ਸਚੇ ਨਾਮ ਬਿਨੁ
ਸਿਰ ਖੁਰ ਪਤਿ ਪਾਟੀ ॥੨॥ ਪਉੜੀ ॥ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਅੰਤੇ ਹੋਇ ਸਖਾਈ ॥ ਬਾਝੁ ਗੁਰੂ ਜਗਤੁ ਬਉਰਾਨਾ ਨਾਵੈ
ਸਾਰ ਨ ਪਾਈ ॥ ਸਤਿਗੁਰੁ ਸੇਵਹਿ ਸੇ ਪਰਵਾਣੁ ਜਿਨ੍ ਜੋਤੀ ਜੋਤਿ ਮਿਲਾਈ ॥ ਸੋ ਸਾਹਿਬੁ ਸੋ ਸੇਵਕੁ ਤੇਹਾ ਜਿਸੁ ਭਾਣਾ ਮੰਨਿ
ਵਸਾਈ ॥ ਆਪਣੈ ਭਾਣੈ ਕਹੁ ਕਿਨਿ ਸੁਖੁ ਪਾਇਆ ਅੰਧਾ ਅੰਧੁ ਕਮਾਈ ॥ ਬਿਖਿਆ ਕਦੇ ਹੀ ਰਜੈ ਨਾਹੀ ਮੂਰਖ ਭੁਖ ਨ ਜਾਈ
॥ ਦੂਜੈ ਸਭੁ ਕੋ ਲਗਿ ਵਿਗੁਤਾ ਬਿਨੁ ਸਤਿਗੁਰ ਬੂਝ ਨ ਪਾਈ ॥ ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਸ ਨੋ ਕਿਰਪਾ ਕਰੇ ਰਜਾਈ
॥੨●॥ ਸਲੋਕ ਮਃ ੧ ॥ ਸਰਮੁ ਧਰਮੁ ਦੁਇ ਨਾਨਕਾ ਜੇ ਧਨੁ ਪਲੈ ਪਾਇ ॥ ਸੋ ਧਨੁ ਮਿਤ੍ਰੁ ਨ ਕਾਂਢੀਐ ਜਿਤੁ ਸਿਰਿ ਚੋਟਾਂ ਖਾਇ
॥ ਜਿਨ ਕੈ ਪਲੈ ਧਨੁ ਵਸੈ ਤਿਨ ਕਾ ਨਾਉ ਫਕੀਰ ॥ ਜਿਨ੍ ਕੈ ਹਿਰਦੈ ਤੂ ਵਸਹਿ ਤੇ ਨਰ ਗੁਣੀ ਗਹੀਰ ॥੧॥ ਮਃ ੧ ॥ ਦੁਖੀ
ਦੁਨੀ ਸਹੇੜੀਐ ਜਾਇ ਤ ਲਗਹਿ ਦੁਖ ॥ ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੀ ਭੁਖ ॥ ਰੂਪੀ ਭੁਖ ਨ ਉਤਰੈ ਜਾਂ ਦੇਖਾਂ ਤਾਂ ਭੁਖ
॥ ਜੇਤੇ ਰਸ ਸਰੀਰ ਕੇ ਤੇਤੇ ਲਗਹਿ ਦੁਖ ॥੨॥ ਮਃ ੧ ॥ ਅੰਧੀ ਕੰਮੀ ਅੰਧੁ ਮਨੁ ਮਨਿ ਅੰਧੈ ਤਨੁ ਅੰਧੁ ॥ ਚਿਕੜਿ ਲਾਇਐ
ਕਿਆ ਥੀਐ ਜਾਂ ਤੁਟੈ ਪਥਰ ਬੰਧੁ ॥ ਬੰਧੁ ਤੁਟਾ ਬੇੜੀ ਨਹੀ ਨਾ ਤੁਲਹਾ ਨਾ ਹਾਥ ॥ ਨਾਨਕ ਸਚੇ ਨਾਮ ਵਿਣੁ ਕੇਤੇ ਡੁਬੇ ਸਾਥ
॥੩॥ ਮਃ ੧ ॥ ਲਖ ਮਣ ਸੁਇਨਾ ਲਖ ਮਣ ਰੁਪਾ ਲਖ ਸਾਹਾ ਸਿਰਿ ਸਾਹ ॥ ਲਖ ਲਸਕਰ ਲਖ ਵਾਜੇ ਨੇਜੇ ਲਖੀ ਘੋੜੀ
ਪਾਤਿਸਾਹ ॥ ਜਿਥੈ ਸਾਇਰੁ ਲੰਘਣਾ ਅਗਨਿ ਪਾਣੀ ਅਸਗਾਹ ॥ ਕੰਧੀ ਦਿਸਿ ਨ ਆਵਈ ਧਾਹੀ ਪਵੈ ਕਹਾਹ ॥ ਨਾਨਕ ਓਥੈ
ਜਾਣੀਅਹਿ ਸਾਹ ਕੇਈ ਪਾਤਿਸਾਹ ॥੪॥ ਪਉੜੀ ॥ ਇਕਨਾ ਗਲੀਂ ਜੰਜੀਰ ਬੰਦਿ ਰਬਾਣੀਐ ॥ ਬਧੇ ਛੁਟਹਿ ਸਚਿ ਸਚੁ ਪਛਾਣੀਐ
॥ ਲਿਖਿਆ ਪਲੈ ਪਾਇ ਸੋ ਸਚੁ ਜਾਣੀਐ ॥ ਹੁਕਮੀ ਹੋਇ ਨਿਬੇੜੁ ਗਇਆ ਜਾਣੀਐ ॥ ਭਉਜਲ ਤਾਰਣਹਾਰੁ ਸਬਦਿ ਪਛਾਣੀਐ

॥ ਚੋਰ ਜਾਰ ਜੂਆਰ ਪੀੜੇ ਘਾਣੀਐ ॥ ਨਿੰਦਕ ਲਾਇਤਬਾਰ ਮਿਲੇ ਹੜ੍ਵਾਣੀਐ ॥ ਗੁਰਮੁਖਿ ਸਚਿ ਸਮਾਇ ਸੁ ਦਰਗਹ ਜਾਣੀਐ ॥੨੧॥

ਸਲੋਕ ਮਃ ੨ ॥ ---

ਮਃ ੧ ॥ ਹਰਣਾਂ ਬਾਜਾਂ ਤੈ ਸਿਕਦਾਰਾਂ ਏਨ੍ਾ ਪੜ੍ਿਆ ਨਾਉ ॥ ਫਾਂਧੀ ਲਗੀ ਜਾਤਿ ਫਹਾਇਨਿ ਅਗੈ ਨਾਹੀ ਥਾਉ ॥ ਸੋ ਪੜਿਆ ਸੋ ਪੰਡਿਤੁ ਬੀਨਾ ਜਿਨ੍ੀ ਕਮਾਣਾ ਨਾਉ ॥ ਪਹਿਲੋ ਦੇ ਜੜ ਅੰਦਰਿ ਜੰਮੈ ਤਾ ਉਪਰਿ ਹੋਵੈ ਛਾਂਉ ॥ ਰਾਜੇ ਸੀਹ ਮੁਕਦਮ ਕੁਤੇ ॥ ਜਾਇ ਜਗਾਇਨਿ੍ ਬੈਠੇ ਸੁਤੇ ॥ ਚਾਕਰ ਨਹਦਾ ਪਾਇਨਿ੍ ਘਾਉ ॥ ਰਤੁ ਪਿਤੁ ਕੁਤਿਹੋ ਚਟਿ ਜਾਹੁ ॥ ਜਿਥੈ ਜੀਆਂ ਹੋਸੀ ਸਾਰ ॥ ਨਕੀਂ ਵਢੀਂ ਲਾਇਤਬਾਰ ॥੨॥ ਪਉੜੀ ॥ ਆਪਿ ਉਪਾਏ ਮੇਦਨੀ ਆਪੇ ਕਰਦਾ ਸਾਰ ॥ ਭੈ ਬਿਨੁ ਭਰਮੁ ਨ ਕਟੀਐ ਨਾਮਿ ਨ ਲਗੈ ਪਿਆਰੁ ॥ ਸਤਿਗੁਰ ਤੇ ਭਉ ਊਪਜੈ ਪਾਈਐ ਮੋਖ ਦੁਆਰ ॥ ਭੈ ਤੇ ਸਹਜੁ ਪਾਈਐ ਮਿਲਿ ਜੋਤੀ ਜੋਤਿ ਅਪਾਰ ॥ ਭੈ ਤੇ ਭੈਜਲੁ ਲੰਘੀਐ ਗੁਰਮਤੀ ਵੀਚਾਰੁ ॥ ਭੈ ਤੇ ਨਿਰਭਉ ਪਾਈਐ ਜਿਸ ਦਾ ਅੰਤੁ ਨ ਪਾਰਾਵਾਰੁ ॥ ਮਨਮੁਖ ਭੈ ਕੀ ਸਾਰ ਨ ਜਾਣਨੀ ਤ੍ਰਿਸਨਾ ਜਲਤੇ ਕਰਹਿ ਪੁਕਾਰ ॥ ਨਾਨਕ ਨਾਵੈ ਹੀ ਤੇ ਸੁਖੁ ਪਾਇਆ ਗੁਰਮਤੀ ਉਰਿ ਧਾਰ ॥੨੨॥ ਸਲੋਕ ਮਃ ੧ ॥ ਰੂਪੈ ਕਾਮੈ ਦੋਸਤੀ ਭੁਖੈ ਸਾਦੈ ਗੰਢੁ ॥ ਲਬੈ ਮਾਲੈ ਘੁਲਿ ਮਿਲਿ ਮਿਚਲਿ ਊਂਘੈ ਸਉੜਿ ਪਲੰਘੁ ॥ ਭੰਉਕੈ ਕੋਪੁ ਖੁਆਰੁ ਹੋਇ ਫਕੜੁ ਪਿਟੇ ਅੰਧੁ ॥ ਚੁਪੈ ਚੰਗਾ ਨਾਨਕਾ ਵਿਣੁ ਨਾਵੈ ਮੁਹਿ ਗੰਧੁ ॥੧॥ ਮਃ ੧ ॥ ਰਾਜੁ ਮਾਲੁ ਰੂਪੁ ਜਾਤਿ ਜੋਬਨੁ ਪੰਜੇ ਠਗ ॥ ਏਨੀ ਠਗੀਂ ਜਗੁ ਠਗਿਆ ਕਿਨੈ ਨ ਰਖੀ ਲਜ ॥ ਏਨਾ ਠਗਨਿ੍ ਠਗ ਸੇ ਜਿ ਗੁਰ ਕੀ ਪੈਰੀ ਪਾਹਿ ॥ ਨਾਨਕ ਕਰਮਾ ਬਾਹਰੇ ਹੋਰਿ ਕੇਤੇ ਮੁਠੇ ਜਾਹਿ ॥੨॥ ਪਉੜੀ ॥ ਪੜਿਆ ਲੇਖੇਦਾਰੁ ਲੇਖਾ ਮੰਗੀਐ ॥ ਵਿਣੁ ਨਾਵੈ ਕੂੜਿਆਰੁ ਅਉਖਾ ਤੰਗੀਐ ॥ ਅਉਘਟ ਰੁਧੇ ਰਾਹ ਗਲੀਆਂ ਰੋਕੀਆਂ ॥ ਸਚਾ ਵੇਪਰਵਾਹੁ ਸਬਦਿ ਸੰਤੋਖੀਆਂ ॥ ਗਹਿਰ ਗਭੀਰ ਅਥਾਹੁ ਹਾਥ ਨ ਲਭਈ ॥ ਮੁਹੇ ਮੁਹਿ ਚੋਟਾ ਖਾਹੁ ਵਿਣੁ ਗੁਰ ਕੋਇ ਨ ਛੁਟਸੀ ॥ ਪਤਿ ਸੇਤੀ ਘਰਿ ਜਾਹੁ ਨਾਮੁ

ਵਖਾਣੀਐ ॥ ਹੁਕਮੀ ਸਾਹ ਗਿਰਾਹ ਦੇਂਦਾ ਜਾਣੀਐ ॥੨੩॥ ਸਲੋਕ ਮਃ ੧ ॥ ਪਉਣੈ ਪਾਣੀ ਅਗਨਿ ਜੀਉ ਤਿਨ ਕਿਆ ਖੁਸੀਆ ਕਿਆ ਪੀੜ ॥ ਧਰਤੀ ਪਾਤਾਲੀ ਆਕਾਸੀ ਇਕਿ ਦਰਿ ਰਹਨਿ ਵਜੀਰ ॥ ਇਕਨਾ ਵਡੀ ਆਰਜਾ ਇਕਿ ਮਰਿ ਹੋਹਿ ਜਹੀਰ ॥ ਇਕਿ ਦੇ ਖਾਹਿ ਨਿਖੁਟੈ ਨਾਹੀ ਇਕਿ ਸਦਾ ਫਿਰਹਿ ਫਕੀਰ ॥ ਹੁਕਮੀ ਸਾਜੇ ਹੁਕਮੀ ਢਾਹੇ ਏਕ ਚਸੇ ਮਹਿ ਲਖ ॥ ਸਭੁ ਕੋ ਨਥੈ ਨਥਿਆ ਬਖਸੇ ਤੋੜੇ ਨਥ ॥ ਵਰਨਾ ਚਿਹਨਾ ਬਾਹਰਾ ਲੇਖੇ ਬਾਝੁ ਅਲਖੁ ॥ ਕਿਉ ਕਥੀਐ ਕਿਉ ਆਖੀਐ ਜਾਪੈ ਸਚੋ ਸਚੁ ॥ ਕਰਣਾ ਕਥਨਾ ਕਾਰ ਸਭ ਨਾਨਕ ਆਪਿ ਅਕਥੁ ॥ ਅਕਥ ਕੀ ਕਥਾ ਸੁਣੇਇ ॥ ਰਿਧਿ ਬੁਧਿ ਸਿਧਿ ਗਿਆਨੁ ਸਦਾ ਸੁਖੁ ਹੋਇ ॥੧॥ ਮਃ ੧ ॥ ਅਜਰੁ ਜਰੈ ਤ ਨਉ ਕੁਲ ਬੰਧੁ ॥ ਪੂਜੈ ਪ੍ਰਾਣ ਹੋਵੈ ਥਿਰੁ ਕੰਧੁ ॥ ਕਹਾਂ ਤੇ ਆਇਆ ਕਹਾਂ ਏਹੁ ਜਾਣੁ ॥ ਜੀਵਤ ਮਰਤ ਰਹੈ ਪਰਵਾਣੁ ॥ ਹੁਕਮੈ ਬੂਝੈ ਤਤੁ ਪਛਾਣੈ ॥ ਇਹੁ ਪਰਸਾਦੁ ਗੁਰੂ ਤੇ ਜਾਣੈ ॥ ਹੋਂਦਾ ਫੜੀਅਗੁ ਨਾਨਕ ਜਾਣੁ ॥ ਨਾ ਹਉ ਨਾ ਮੈ ਜੂਨੀ ਪਾਣੁ ॥੨॥ ਪਉੜੀ ॥ ਪੜ੍ਹੀਐ ਨਾਮੁ ਸਾਲਾਹ ਹੋਰਿ ਬੁਧੀਂ ਮਿਥਿਆ ॥ ਬਿਨੁ ਸਚੇ ਵਾਪਾਰ ਜਨਮੁ ਬਿਰਥਿਆ ॥ ਅੰਤੁ ਨ ਪਾਰਾਵਾਰੁ ਨ ਕਿਨ ਹੀ ਪਾਇਆ ॥ ਸਭੁ ਜਗੁ ਗਰਬਿ ਗੁਬਾਰੁ ਤਿਨ ਸਚੁ ਨ ਭਾਇਆ ॥ ਚਲੇ ਨਾਮੁ ਵਿਸਾਰਿ ਤਾਵਣਿ ਤਤਿਆ ॥ ਬਲਦੀ ਅੰਦਰਿ ਤੇਲੁ ਦੁਬਿਧਾ ਘਤਿਆ ॥ ਆਇਆ ਉਠੀ ਖੇਲੁ ਫਿਰੈ ਉਵਤਿਆ ॥ ਨਾਨਕ ਸਚੈ ਮੇਲੁ ਸਚੈ ਰਤਿਆ ॥੨੪॥ ਸਲੋਕ ਮਃ ੧ ॥ ਪਹਿਲਾਂ ਮਾਸਹੁ ਨਿੰਮਿਆ ਮਾਸੈ ਅੰਦਰਿ ਵਾਸੁ ॥ ਜੀਉ ਪਾਇ ਮਾਸੁ ਮੁਹਿ ਮਿਲਿਆ ਹਡੁ ਚੰਮੁ ਤਨੁ ਮਾਸੁ ॥ ਮਾਸਹੁ ਬਾਹਰਿ ਕਢਿਆ ਮੰਮਾ ਮਾਸੁ ਗਿਰਾਸੁ ॥ ਮੁਹੁ ਮਾਸੈ ਕਾ ਜੀਭ ਮਾਸੈ ਕੀ ਮਾਸੈ ਅੰਦਰਿ ਸਾਸੁ ॥ ਵਡਾ ਹੋਆ ਵੀਆਹਿਆ ਘਰਿ ਲੈ ਆਇਆ ਮਾਸੁ ॥ ਮਾਸਹੁ ਹੀ ਮਾਸੁ ਊਪਜੈ ਮਾਸਹੁ ਸਭੋ ਸਾਕੁ ॥ ਸਤਿਗੁਰਿ ਮਿਲਿਐ ਹੁਕਮੁ ਬੁਝੀਐ ਤਾਂ ਕੋ ਆਵੈ ਰਾਸਿ ॥ ਆਪਿ ਛੁਟੇ ਨਹ ਛੂਟੀਐ ਨਾਨਕ ਬਚਨਿ ਬਿਣਾਸੁ ॥੧॥ ਮਃ ੧ ॥ ਮਾਸੁ ਮਾਸੁ ਕਰਿ ਮੂਰਖੁ ਝਗੜੇ ਗਿਆਨੁ ਧਿਆਨੁ ਨਹੀ ਜਾਣੈ ॥ ਕਉਣੁ ਮਾਸੁ ਕਉਣੁ ਸਾਗੁ ਕਹਾਵੈ ਕਿਸੁ ਮਹਿ ਪਾਪ ਸਮਾਣੇ ॥ ਗੈਂਡਾ ਮਾਰਿ ਹੋਮ ਜਗ ਕੀਏ ਦੇਵਤਿਆ ਕੀ ਬਾਣੇ ॥ ਮਾਸੁ ਛੋਡਿ ਬੈਸਿ ਨਕੁ ਪਕੜਹਿ ਰਾਤੀ ਮਾਣਸ ਖਾਣੇ ॥ ਫੜੁ ਕਰਿ ਲੋਕਾਂ ਨੋ ਦਿਖਲਾਵਹਿ ਗਿਆਨੁ ਧਿਆਨੁ ਨਹੀ ਸੂਝੈ ॥ ਨਾਨਕ ਅੰਧੇ ਸਿਉ ਕਿਆ ਕਹੀਐ

ਕਹੈ ਨ ਕਹਿਆ ਬੂਝੈ ॥ ਅੰਧਾ ਸੋਇ ਜਿ ਅੰਧੁ ਕਮਾਵੈ ਤਿਸੁ ਰਿਦੈ ਸਿ ਲੋਚਨ ਨਾਹੀ ॥ ਮਾਤ ਪਿਤਾ ਕੀ ਰਕਤੁ ਨਿਪੰਨੇ ਮਛੀ ਮਾਸੁ ਨ ਖਾਂਹੀ ॥ ਇਸਤ੍ਰੀ ਪੁਰਖੈ ਜਾਂ ਨਿਸਿ ਮੇਲਾ ਓਥੈ ਮੰਧੁ ਕਮਾਹੀ ॥ ਮਾਸਹੁ ਨਿੰਮੇ ਮਾਸਹੁ ਜੰਮੇ ਹਮ ਮਾਸੈ ਕੇ ਭਾਂਡੇ ॥ ਗਿਆਨੁ ਧਿਆਨੁ ਕਛੁ ਸੂਝੈ ਨਾਹੀ ਚਤੁਰੁ ਕਹਾਵੈ ਪਾਂਡੇ ॥ ਬਾਹਰ ਕਾ ਮਾਸੁ ਮੰਦਾ ਸੁਆਮੀ ਘਰ ਕਾ ਮਾਸੁ ਚੰਗੇਰਾ ॥ ਜੀਅ ਜੰਤ ਸਭਿ ਮਾਸਹੁ ਹੋਏ ਜੀਇ ਲਇਆ ਵਾਸੇਰਾ ॥ ਅਭਖੁ ਭਖਹਿ ਭਖੁ ਤਜਿ ਛੋਡਹਿ ਅੰਧੁ ਗੁਰੂ ਜਿਨ ਕੇਰਾ ॥ ਮਾਸਹੁ ਨਿੰਮੇ ਮਾਸਹੁ ਜੰਮੇ ਹਮ ਮਾਸੈ ਕੇ ਭਾਂਡੇ ॥ ਗਿਆਨੁ ਧਿਆਨੁ ਕਛੁ ਸੂਝੈ ਨਾਹੀ ਚਤੁਰੁ ਕਹਾਵੈ ਪਾਂਡੇ ॥ ਮਾਸੁ ਪੁਰਾਣੀ ਮਾਸੁ ਕਤੇਬੀਂ ਚਹੁ ਜੁਗਿ ਮਾਸੁ ਕਮਾਣਾ ॥ ਜਜਿ ਕਾਜਿ ਵੀਆਹਿ ਸੁਹਾਵੈ ਓਥੈ ਮਾਸੁ ਸਮਾਣਾ ॥ ਇਸਤ੍ਰੀ ਪੁਰਖ ਨਿਪਜਹਿ ਮਾਸਹੁ ਪਾਤਿਸਾਹ ਸੁਲਤਾਨਾਂ ॥ ਜੇ ਓਇ ਦਿਸਹਿ ਨਰਕਿ ਜਾਂਦੇ ਤਾਂ ਉਨ੍ ਕਾ ਦਾਨੁ ਨ ਲੈਣਾ ॥ ਦੇਂਦਾ ਨਰਕਿ ਸੁਰਗਿ ਲੈਦੇ ਦੇਖਹੁ ਏਹੁ ਧਿਙਾਣਾ ॥ ਆਪਿ ਨ ਬੂਝੈ ਲੋਕ ਬੁਝਾਏ ਪਾਂਡੇ ਖਰਾ ਸਿਆਣਾ ॥ ਪਾਂਡੇ ਤੂ ਜਾਣੈ ਹੀ ਨਾਹੀ ਕਿਥਹੁ ਮਾਸੁ ਉਪੰਨਾ ॥ ਤੋਇਅਹੁ ਅੰਨੁ ਕਮਾਦੁ ਕਪਾਹਾਂ ਤੋਇਅਹੁ ਤ੍ਰਿਭਵਣੁ ਗੰਨਾ ॥ ਤੋਆ ਆਖੈ ਹਉ ਬਹੁ ਬਿਧਿ ਹਛਾ ਤੋਐ ਬਹੁਤੁ ਬਿਕਾਰਾ ॥ ਏਤੇ ਰਸ ਛੋਡਿ ਹੋਵੈ ਸੰਨਿਆਸੀ ਨਾਨਕੁ ਕਹੈ ਵਿਚਾਰਾ ॥੨॥ ਪਉੜੀ ॥ ਹਉ ਕਿਆ ਆਖਾ ਇਕ ਜੀਭ ਤੇਰਾ ਅੰਤੁ ਨ ਕਿਨ ਹੀ ਪਾਇਆ ॥ ਸਚਾ ਸਬਦੁ ਵੀਚਾਰਿ ਸੇ ਤੁਝ ਹੀ ਮਾਹਿ ਸਮਾਇਆ ॥ ਇਕਿ ਭਗਵਾ ਵੇਸੁ ਕਰਿ ਭਰਮਦੇ ਵਿਣੁ ਸਤਿਗੁਰ ਕਿਨੈ ਨ ਪਾਇਆ ॥ ਦੇਸ ਦਿਸੰਤਰ ਭਵਿ ਥਕੇ ਤੁਧੁ ਅੰਦਰਿ ਆਪੁ ਲੁਕਾਇਆ ॥ ਗੁਰ ਕਾ ਸਬਦੁ ਰਤੰਨੁ ਹੈ ਕਰਿ ਚਾਨਣੁ ਆਪਿ ਦਿਖਾਇਆ ॥ ਆਪਣਾ ਆਪੁ ਪਛਾਣਿਆ ਗੁਰਮਤੀ ਸਚਿ ਸਮਾਇਆ ॥ ਆਵਾ ਗਉਣੁ ਬਜਾਰੀਆ ਬਾਜਾਰੁ ਜਿਨੀ ਰਚਾਇਆ ॥ ਇਕੁ ਥਿਰੁ ਸਚਾ ਸਾਲਾਹਣਾ ਜਿਨ ਮਨਿ ਸਚਾ ਭਾਇਆ ॥੨੫॥ ਸਲੋਕ ਮਃ ੧ ॥ ਨਾਨਕ ਮਾਇਆ ਕਰਮ ਬਿਰਖੁ ਫਲ ਅੰਮ੍ਰਿਤ ਫਲ ਵਿਸੁ ॥ ਸਭ ਕਾਰਣ ਕਰਤਾ ਕਰੇ ਜਿਸੁ ਖਵਾਲੇ ਤਿਸੁ ॥੧॥

ਮਃ ੨ ॥ ---

ਸਲੋਕ ਮਃ ੧ ॥ ਘਰ ਮਹਿ ਘਰੁ ਦੇਖਾਇ ਦੇਇ ਸੋ ਸਤਿਗੁਰੁ ਪੁਰਖੁ ਸੁਜਾਣੁ ॥ ਪੰਚ ਸਬਦ ਧੁਨਿਕਾਰ ਧੁਨਿ ਤਹ ਬਾਜੈ ਸਬਦੁ ਨੀਸਾਣੁ ॥ ਦੀਪ ਲੋਅ ਪਾਤਾਲ ਤਹ ਖੰਡ ਮੰਡਲ ਹੈਰਾਨੁ ॥ ਤਾਰ ਘੋਰ ਬਾਜਿੰਤ੍ਰ ਤਹ ਸਾਚਿ ਤਖਤਿ ਸੁਲਤਾਨੁ ॥ ਸੁਖਮਨ ਕੈ ਘਰਿ ਰਾਗੁ ਸੁਨਿ ਸੁੰਨਿ ਮੰਡਲਿ ਲਿਵ ਲਾਇ ॥ ਅਕਥ ਕਥਾ ਬੀਚਾਰੀਐ ਮਨਸਾ ਮਨਹਿ ਸਮਾਇ ॥ ਉਲਟਿ ਕਮਲੁ ਅੰਮ੍ਰਿਤਿ ਭਰਿਆ ਇਹੁ ਮਨੁ ਕਤਹੁ ਨ ਜਾਇ ॥ ਅਜਪਾ ਜਾਪੁ ਨ ਵੀਸਰੈ ਆਦਿ ਜੁਗਾਦਿ ਸਮਾਇ ॥ ਸਭਿ ਸਖੀਆ ਪੰਚੇ ਮਿਲੇ ਗੁਰਮੁਖਿ ਨਿਜ ਘਰਿ ਵਾਸੁ ॥ ਸਬਦੁ ਖੋਜਿ ਇਹੁ ਘਰੁ ਲਹੈ ਨਾਨਕੁ ਤਾ ਕਾ ਦਾਸੁ ॥੧॥ ਮਃ ੧ ॥ ਚਿਲਿਮਿਲਿ ਬਿਸੀਆਰ ਦੁਨੀਆ ਫਾਨੀ ॥ ਕਾਲੂਬਿ ਅਕਲ ਮਨ ਗੋਰ ਨ ਮਾਨੀ ॥ ਮਨ ਕਮੀਨ ਕਮਤਰੀਨ ਤੂ ਦਰੀਆਉ ਖੁਦਾਇਆ ॥ ਏਕੁ ਚੀਜੁ ਮੁਝੈ ਦੇਹਿ ਅਵਰ ਜਹਰ ਚੀਜ ਨ ਭਾਇਆ ॥ ਪੁਰਾਬ ਖਾਮ ਕੂਜੈ ਹਿਕਮਤਿ ਖੁਦਾਇਆ ॥ ਮਨ ਤੁਆਨਾ ਤੂ ਕੁਦਰਤੀ ਆਇਆ ॥ ਸਗ ਨਾਨਕ ਦੀਬਾਨ ਮਸਤਾਨਾ ਨਿਤ ਚੜੈ ਸਵਾਇਆ ॥ ਆਤਸ ਦੁਨੀਆ ਖੁਨਕ ਨਾਮੁ ਖੁਦਾਇਆ ॥੨॥ ਪਉੜੀ ਨਵੀ

ਮਃ ੫ ॥ --

ਸਲੋਕ ਮਃ ੧ ॥ ਧੰਨੁ ਸੁ ਕਾਗਦੁ ਕਲਮ ਧੰਨੁ ਧਨੁ ਭਾਂਡਾ ਧਨੁ ਮਸੁ ॥ ਧਨੁ ਲੇਖਾਰੀ ਨਾਨਕਾ ਜਿਨਿ ਨਾਮੁ ਲਿਖਾਇਆ ਸਚੁ ॥੧॥ ਮਃ ੧ ॥ ਆਪੇ ਪਟੀ ਕਲਮ ਆਪਿ ਉਪਰਿ ਲੇਖੁ ਭਿ ਤੂੰ ॥ ਏਕੋ ਕਹੀਐ ਨਾਨਕਾ ਦੂਜਾ ਕਾਹੇ ਕੂ ॥੨॥ ਪਉੜੀ ॥ ਤੂੰ ਆਪੇ ਆਪਿ ਵਰਤਦਾ ਆਪਿ ਬਣਤ ਬਣਾਈ ॥ ਤੁਧੁ ਬਿਨੁ ਦੂਜਾ ਕੋ ਨਹੀ ਤੂ ਰਹਿਆ ਸਮਾਈ ॥ ਤੇਰੀ ਗਤਿ ਮਿਤਿ ਤੂਹੈ ਜਾਣਦਾ ਤੁਧੁ ਕੀਮਤਿ ਪਾਈ ॥ ਤੂ ਅਲਖ ਅਗੋਚਰੁ ਅਗਮੁ ਹੈ ਗੁਰਮਤਿ ਦਿਖਾਈ ॥ ਅੰਤਰਿ ਅਗਿਆਨੁ ਦੁਖੁ ਭਰਮੁ ਹੈ ਗੁਰ ਗਿਆਨਿ ਗਵਾਈ ॥ ਜਿਸੁ ਕ੍ਰਿਪਾ ਕਰਹਿ ਤਿਸੁ ਮੇਲਿ ਲੈਹਿ ਸੋ ਨਾਮੁ ਧਿਆਈ ॥ ਤੂ ਕਰਤਾ ਪੁਰਖੁ ਅਗੰਮੁ ਹੈ ਰਵਿਆ ਸਭ ਠਾਈ ॥ ਜਿਤੁ ਤੂ ਲਾਇਹਿ ਸਚਿਆ ਤਿਤੁ ਕੋ ਲਗੈ ਨਾਨਕ ਗੁਣ ਗਾਈ ॥੨੮॥੧॥ ਸੁਧੁ ॥

ਅੰਗ 1292 ਤੋਂ 1293 ਤੱਕ ਰਾਗੁ ਮਲਾਰ ਬਾਣੀ ਭਗਤ ਨਾਮਦੇਵ ਜੀਉ ਕੀ ਅਤੇ ਮਲਾਰ ਬਾਣੀ ਭਗਤ ਰਵਿਦਾਸ ਜੀ ਕੀ ਦਰਜ ਹੈ।

ਅੰਗਲ 1294 ਤੋਂ ਰਾਗੁ ਕਾਨੜਾ ਚਉਪਦੇ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1298 ਤੱਕ ਹੈ।

ਅੰਗ 1298 ਤੋਂ ਕਾਨੜਾ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1308 ਤੱਕ ਹੈ।

ਅੰਗ 1308 ਕਾਨੜਾ ਅਸਟਪਦੀਆ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1311 ਤੱਕ ਹੈ।

ਅੰਗ 1311 ’ਤੇ ਕਾਨੜਾ ਛੰਤ ਮਹਲਾ ੫ ਬਾਣੀ ਹੈ।

ਅੰਗ 1311 ਤੋਂ ਕਾਨੜੇ ਕੀ ਵਾਰ ਮਹਲਾ ੪ ਮੂਸੇ ਕੀ ਵਾਰ ਕੀ ਧੁਨੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1318 ਤੱਕ ਹੈ।

ਅੰਗ 1318 'ਤੇ ਰਾਗੁ ਕਾਨੜਾ ਬਾਣੀ ਨਾਮਦੇਵ ਜੀਉ ਕੀ ਹੈ।

ਅੰਗ 1319 ਤੋਂ ਰਾਗੁ ਕਲਿਆਨ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1321 ਤੱਕ ਹੈ।

ਅੰਗ 1321 'ਤੇ ਕਲਿਆਨੁ ਭੋਪਾਲੀ ਮਹਲਾ ੪ ਬਾਣੀ ਦਰਜ ਹੈ।

ਅੰਗ 1321 ਤੋਂ ਰਾਗੁ ਕਲਿਆਨੁ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1323 ਤੱਕ ਹੈ।

ਅੰਗ 1323 ਤੋਂ ਕਲਿਆਨ ਮਹਲਾ ੪ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ 1326 ਤੱਕ ਹੈ।

ਰਾਗੁ ਪਰਭਾਤੀ ਬਿਭਾਸ ਮਹਲਾ ੧

ਅੰਗ 1327 ਤੋਂ ਰਾਗੁ ਪਰਭਾਤੀ ਬਿਭਾਸ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1332 ਤੱਕ ਹੈ।

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਪਰਭਾਤੀ ਬਿਭਾਸ ਮਹਲਾ ੧ ਚਉਪਦੇ ਘਰੁ ੧ ॥

ਨਾਇ ਤੇਰੈ ਤਰਣਾ ਨਾਇ ਪਤਿ ਪੂਜ ॥ ਨਾਉ ਤੇਰਾ ਗਹਣਾ ਮਤਿ ਮਕਸੂਦੁ ॥ ਨਾਇ ਤੇਰੈ ਨਾਉ ਮੰਨੇ ਸਭ ਕੋਇ ॥ ਵਿਣੁ ਨਾਵੈ ਪਤਿ ਕਬਹੁ ਨ ਹੋਇ ॥੧॥ ਅਵਰ ਸਿਆਣਪ ਸਗਲੀ ਪਾਜੁ ॥ ਜੈ ਬਖਸੇ ਤੈ ਪੂਰਾ ਕਾਜੁ ॥੧॥ ਰਹਾਉ ॥ ਨਾਉ ਤੇਰਾ ਤਾਣੁ ਨਾਉ ਦੀਬਾਣੁ ॥ ਨਾਉ ਤੇਰਾ ਲਸਕਰੁ ਨਾਉ ਸੁਲਤਾਨੁ ॥ ਨਾਇ ਤੇਰੈ ਮਾਣੁ ਮਹਤ ਪਰਵਾਣੁ ॥ ਤੇਰੀ ਨਦਰੀ ਕਰਮਿ ਪਵੈ ਨੀਸਾਣੁ ॥੨॥ ਨਾਇ ਤੇਰੈ ਸਹਜੁ ਨਾਇ ਸਾਲਾਹ ॥ ਨਾਉ ਤੇਰਾ ਅੰਮ੍ਰਿਤੁ ਬਿਖੁ ਉਠਿ ਜਾਇ ॥ ਨਾਇ ਤੇਰੈ ਸਭਿ ਸੁਖ ਵਸਹਿ ਮਨਿ ਆਇ ॥ ਬਿਨੁ ਨਾਵੈ ਬਾਧੀ ਜਮ ਪੁਰਿ ਜਾਇ ॥੩॥ ਨਾਰੀ ਬੇਰੀ ਘਰ ਦਰ ਦੇਸ ॥ ਮਨ ਕੀਆ ਖੁਸੀਆ ਕੀਚਹਿ ਵੇਸ ॥ ਜਾਂ ਸਦੇ ਤਾਂ ਢਿਲ ਨ ਪਾਇ ॥ ਨਾਨਕ ਕੂੜੁ ਕੂੜੋ ਹੋਇ ਜਾਇ ॥੪॥੧॥ ਪ੍ਰਭਾਤੀ ਮਹਲਾ ੧ ॥ ਤੇਰਾ ਨਾਮੁ ਰਤਨੁ ਕਰਮੁ ਚਾਨਣੁ ਸੁਰਤਿ ਤਿਥੈ ਲੋਇ ॥ ਅੰਧੇਰੁ ਅੰਧੀ ਵਾਪਰੈ ਸਗਲ ਲੀਜੈ ਖੋਇ ॥੧॥ ਇਹੁ ਸੰਸਾਰੁ ਸਗਲ ਬਿਕਾਰੁ ॥ ਤੇਰਾ ਨਾਮੁ ਦਾਰੂ ਅਵਰੁ ਨਾਸਤਿ ਕਰਣਹਾਰੁ ਅਪਾਰੁ ॥੧॥ ਰਹਾਉ ॥ ਪਾਤਾਲ ਪੁਰੀਆ ਏਕ ਭਾਰ ਹੋਵਹਿ ਲਾਖ ਕਰੋੜਿ ॥ ਤੇਰੇ ਲਾਲ ਕੀਮਤਿ ਤਾ ਪਵੈ ਜਾਂ ਸਿਰੈ ਹੋਵਹਿ ਹੋਰਿ ॥੨॥ ਦੂਖਾ ਤੇ ਸੁਖ ਊਪਜਹਿ ਸੂਖੀ ਹੋਵਹਿ ਦੂਖ ॥ ਜਿਤੁ ਮੁਖਿ ਤੂ ਸਾਲਾਹੀਅਹਿ ਤਿਤੁ ਮੁਖਿ ਕੈਸੀ ਭੁਖ ॥੩॥ ਨਾਨਕ ਮੂਰਖੁ ਏਕੁ ਤੂ ਅਵਰੁ ਭਲਾ

ਸੈਸਾਰੁ ॥ ਜਿਤੁ ਤਨਿ ਨਾਮੁ ਨ ਊਪਜੈ ਸੇ ਤਨ ਹੋਹਿ ਖੁਆਰ ॥੪॥੨॥ ਪ੍ਰਭਾਤੀ ਮਹਲਾ ੧ ॥ ਜੈ ਕਾਰਣਿ ਬੇਦ ਬ੍ਰਹਮੈ ਉਚਰੇ ਸੰਕਰਿ ਛੋਡੀ ਮਾਇਆ ॥ ਜੈ ਕਾਰਣਿ ਸਿਧ ਭਏ ਉਦਾਸੀ ਦੇਵੀ ਮਰਮੁ ਨ ਪਾਇਆ ॥੧॥ ਬਾਬਾ ਮਨਿ ਸਾਚਾ ਮੁਖਿ ਸਾਚਾ ਕਹੀਐ ਤਰੀਐ ਸਾਚਾ ਹੋਈ ॥ ਦੁਸਮਨੁ ਦੂਖੁ ਨ ਆਵੈ ਨੇੜੈ ਹਰਿ ਮਤਿ ਪਾਵੈ ਕੋਈ ॥੧॥ ਰਹਾਉ ॥ ਅਗਨਿ ਬਿੰਬ ਪਵਣੈ ਕੀ ਬਾਣੀ ਤੀਨਿ ਨਾਮ ਕੇ ਦਾਸਾ ॥ ਤੇ ਤਸਕਰ ਜੋ ਨਾਮੁ ਨ ਲੇਵਹਿ ਵਾਸਹਿ ਕੋਟ ਪੰਚਾਸਾ ॥੨॥ ਜੇ ਕੋ ਏਕ ਕਰੈ ਚੰਗਿਆਈ ਮਨਿ ਚਿਤਿ ਬਹੁਤੁ ਬਫਾਵੈ ॥ ਏਤੇ ਗੁਣ ਏਤੀਆ ਚੰਗਿਆਈਆ ਦੇਇ ਨ ਪਛੋਤਾਵੈ ॥੩॥ ਤੁਧੁ ਸਾਲਾਹਨਿ ਤਿਨ ਧਨੁ ਪਲੈ ਨਾਨਕ ਕਾ ਧਨੁ ਸੋਈ ॥ ਜੇ ਕੋ ਜੀਉ ਕਹੈ ਓਨਾ ਕਉ ਜਮ ਕੀ ਤਲਬ ਨ ਹੋਈ ॥੪॥੩॥ ਪ੍ਰਭਾਤੀ ਮਹਲਾ ੧ ॥ ਜਾ ਕੈ ਰੂਪੁ ਨਾਹੀ ਜਾਤਿ ਨਾਹੀ ਨਾਹੀ ਮੁਖੁ ਮਾਸਾ ॥ ਸਤਿਗੁਰਿ ਮਿਲੇ ਨਿਰੰਜਨੁ ਪਾਇਆ ਤੇਰੈ ਨਾਮਿ ਹੈ ਨਿਵਾਸਾ ॥੧॥ ਅਉਧੂ ਸਹਜੇ ਤਤੁ ਬੀਚਾਰਿ ॥ ਜਾ ਤੇ ਫਿਰਿ ਨ ਆਵਹੁ ਸੈਸਾਰਿ ॥੧॥ ਰਹਾਉ ॥ ਜਾ ਕੈ ਕਰਮੁ ਨਾਹੀ ਧਰਮੁ ਨਾਹੀ ਨਾਹੀ ਸੁਚਿ ਮਾਲਾ ॥ ਸਿਵ ਜੋਤਿ ਕੰਨਹੁ ਬੁਧਿ ਪਾਈ ਸਤਿਗੁਰੂ ਰਖਵਾਲਾ ॥੨॥ ਜਾ ਕੈ ਬਰਤੁ ਨਾਹੀ ਨੇਮੁ ਨਾਹੀ ਨਾਹੀ ਬਕਬਾਈ ॥ ਗਤਿ ਅਵਗਤਿ ਕੀ ਚਿੰਤ ਨਾਹੀ ਸਤਿਗੁਰੂ ਫੁਰਮਾਈ ॥੩॥ ਜਾ ਕੈ ਆਸ ਨਾਹੀ ਨਿਰਾਸ ਨਾਹੀ ਚਿਤਿ ਸੁਰਤਿ ਸਮਝਾਈ ॥ ਤੰਤ ਕਉ ਪਰਮ ਤੰਤੁ ਮਿਲਿਆ ਨਾਨਕਾ ਬੁਧਿ ਪਾਈ ॥੪॥੪॥ ਪ੍ਰਭਾਤੀ ਮਹਲਾ ੧ ॥ ਤਾ ਕਾ ਕਹਿਆ ਦਰਿ ਪਰਵਾਣੁ ॥ ਬਿਖੁ ਅੰਮ੍ਰਿਤੁ ਦੁਇ ਸਮ ਕਰਿ ਜਾਣੁ ॥੧॥ ਕਿਆ ਕਹੀਐ ਸਰਬੇ ਰਹਿਆ ਸਮਾਇ ॥ ਜੋ ਕਿਛੁ ਵਰਤੈ ਸਭ ਤੇਰੀ ਰਜਾਇ ॥੧॥ ਰਹਾਉ ॥ ਪ੍ਰਗਟੀ ਜੋਤਿ ਚੂਕਾ ਅਭਿਮਾਨੁ ॥ ਸਤਿਗੁਰਿ ਦੀਆ ਅੰਮ੍ਰਿਤ ਨਾਮੁ ॥੨॥ ਕਲਿ ਮਹਿ ਆਇਆ ਸੋ ਜਨੁ ਜਾਣੁ ॥ ਸਾਚੀ ਦਰਗਹ ਪਾਵੈ ਮਾਣੁ ॥੩॥ ਕਹਣਾ ਸੁਨਣਾ ਅਕਥ ਘਰਿ ਜਾਇ ॥ ਕਥਨੀ ਬਦਨੀ ਨਾਨਕ ਜਲਿ ਜਾਇ ॥੪॥੫॥ ਪ੍ਰਭਾਤੀ ਮਹਲਾ ੧ ॥ ਅੰਮ੍ਰਿਤੁ ਨੀਰੁ ਗਿਆਨਿ ਮਨ ਮਜਨੁ ਅਠਸਠਿ ਤੀਰਥ ਸੰਗਿ ਗਹੇ ॥ ਗੁਰ ਉਪਦੇਸਿ ਜਵਾਹਰ ਮਾਣਕ ਸੇਵੇ ਸਿਖੁ ਸੁੋ ਖੋਜਿ ਲਹੈ ॥੧॥ ਗੁਰ ਸਮਾਨਿ ਤੀਰਥੁ ਨਹੀ ਕੋਇ ॥ ਸਰੁ ਸੰਤੋਖੁ ਤਾਸੁ ਗੁਰੁ ਹੋਇ ॥੧॥ ਰਹਾਉ ॥ ਗੁਰੁ ਦਰੀਆਉ ਸਦਾ ਜਲੁ ਨਿਰਮਲੁ ਮਿਲਿਆ ਦੁਰਮਤਿ ਮੈਲੁ ਹਰੈ ॥ ਸਤਿਗੁਰਿ ਪਾਇਐ ਪੂਰਾ ਨਾਵਣੁ ਪਸੂ ਪਰੇਤਹੁ ਦੇਵ ਕਰੈ ॥੨॥

ਰਤਾ ਸਚਿ ਨਾਮਿ ਤਲ ਹੀਅਲੁ ਸੋ ਗੁਰੁ ਪਰਮਲੁ ਕਹੀਐ ॥ ਜਾ ਕੀ ਵਾਸੁ ਬਨਾਸਪਤਿ ਸਉਰੈ ਤਾਸ ਚਰਣ ਲਿਵ ਰਹੀਐ ॥੩॥ ਗੁਰਮੁਖਿ ਜੀਅ ਪ੍ਰਾਨ ਉਪਜਹਿ ਗੁਰਮੁਖਿ ਸਿਵ ਘਰਿ ਜਾਈਐ ॥ ਗੁਰਮੁਖਿ ਨਾਨਕ ਸਚਿ ਸਮਾਈਐ ਗੁਰਮੁਖਿ ਨਿਜ ਪਦੁ ਪਾਈਐ ॥੪॥੬॥ ਪ੍ਰਭਾਤੀ ਮਹਲਾ ੧ ॥ ਗੁਰ ਪਰਸਾਦੀ ਵਿਦਿਆ ਵੀਚਾਰੈ ਪੜਿ ਪੜਿ ਪਾਵੈ ਮਾਨੁ ॥ ਆਪਾ ਮਧੇ ਆਪੁ ਪਰਗਾਸਿਆ ਪਾਇਆ ਅੰਮ੍ਰਿਤੁ ਨਾਮੁ ॥੧॥ ਕਰਤਾ ਤੂ ਮੇਰਾ ਜਜਮਾਨੁ ॥ ਇਕ ਦਖਿਣਾ ਹਉ ਤੈ ਪਹਿ ਮਾਗਉ ਦੇਹਿ ਆਪਣਾ ਨਾਮੁ ॥੧॥ ਰਹਾਉ ॥ ਪੰਚ ਤਸਕਰ ਧਾਵਤ ਰਾਖੇ ਚੂਕਾ ਮਨਿ ਅਭਿਮਾਨੁ ॥ ਦਿਸਟਿ ਬਿਕਾਰੀ ਦੁਰਮਤਿ ਭਾਗੀ ਐਸਾ ਬ੍ਰਹਮ ਗਿਆਨੁ ॥੨॥ ਜਤੁ ਸਤੁ ਚਾਵਲ ਦਇਆ ਕਣਕ ਕਰਿ ਪ੍ਰਾਪਤਿ ਪਾਤੀ ਧਾਨੁ ॥ ਦੂਧੁ ਕਰਮੁ ਸੰਤੋਖੁ ਘੀਉ ਕਰਿ ਐਸਾ ਮਾਂਗਉ ਦਾਨੁ ॥੩॥ ਖਿਮਾ ਧੀਰਜੁ ਕਰਿ ਗਊ ਲਵੇਰੀ ਸਹਜੇ ਬਛਰਾ ਖੀਰੁ ਪੀਐ ॥ ਸਿਫਤਿ ਸਰਮ ਕਾ ਕਪੜਾ ਮਾਂਗਉ ਹਰਿ ਗੁਣ ਨਾਨਕ ਰਵਤੁ ਰਹੈ ॥੪॥੭॥ ਪ੍ਰਭਾਤੀ ਮਹਲਾ ੧ ॥ ਆਵਤੁ ਕਿਨੈ ਨ ਰਾਖਿਆ ਜਾਵਤੁ ਕਿਉ ਰਾਖਿਆ ਜਾਇ ॥ ਜਿਸ ਤੇ ਹੋਆ ਸੋਈ ਪਰੁ ਜਾਣੈ ਜਾਂ ਉਸ ਹੀ ਮਾਹਿ ਸਮਾਇ ॥੧॥ ਤੂਹੈ ਹੈ ਵਾਹੁ ਤੇਰੀ ਰਜਾਇ ॥ ਜੋ ਕਿਛੁ ਕਰਹਿ ਸੋਈ ਪਰੁ ਹੋਇਬਾ ਅਵਰੁ ਨ ਕਰਣਾ ਜਾਇ ॥੧॥ ਰਹਾਉ ॥ ਜੈਸੇ ਹਰਹਟ ਕੀ ਮਾਲਾ ਟਿੰਡ ਲਗਤ ਹੈ ਇਕ ਸਖਨੀ ਹੋਰ ਫੇਰ ਭਰੀਅਤ ਹੈ ॥ ਤੈਸੋ ਹੀ ਇਹੁ ਖੇਲੁ ਖਸਮ ਕਾ ਜਿਉ ਉਸ ਕੀ ਵਡਿਆਈ ॥੨॥ ਸੁਰਤੀ ਕੈ ਮਾਰਗਿ ਚਲਿ ਕੈ ਉਲਟੀ ਨਦਰਿ ਪ੍ਰਗਾਸੀ ॥ ਮਨਿ ਵੀਚਾਰਿ ਦੇਖੁ ਬ੍ਰਹਮ ਗਿਆਨੀ ਕਉਨੁ ਗਿਰਹੀ ਕਉਨੁ ਉਦਾਸੀ ॥੩॥ ਜਿਸ ਕੀ ਆਸਾ ਤਿਸ ਹੀ ਸਉਪਿ ਕੈ ਏਹੁ ਰਹਿਆ ਨਿਰਬਾਣੁ ॥ ਜਿਸ ਤੇ ਹੋਆ ਸੋਈ ਕਰਿ ਮਾਨਿਆ ਨਾਨਕ ਗਿਰਹੀ ਉਦਾਸੀ ਸੋ ਪਰਵਾਣੁ ॥੪॥੮॥ ਪ੍ਰਭਾਤੀ ਮਹਲਾ ੧ ॥ ਦਿਸਟਿ ਬਿਕਾਰੀ ਬੰਧਨਿ ਬਾਂਧੈ ਹਉ ਤਿਸ ਕੈ ਬਲਿ ਜਾਈ ॥ ਪਾਪ ਪੁੰਨ ਕੀ ਸਾਰ ਨ ਜਾਣੈ ਭੂਲਾ ਫਿਰੈ ਅਜਾਈ ॥੧॥ ਬੋਲਹੁ ਸਚੁ ਨਾਮੁ ਕਰਤਾਰ ॥ ਫੁਨਿ ਬਹੁੜਿ ਨ ਆਵਣ ਵਾਰ ॥੧॥ ਰਹਾਉ ॥ ਊਚਾ ਤੇ ਫੁਨਿ ਨੀਚੁ ਕਰਤੁ ਹੈ ਨੀਚ ਕਰੈ ਸੁਲਤਾਨੁ ॥ ਜਿਨੀ ਜਾਣੁ ਸੁਜਾਣਿਆ ਜਗਿ ਤੇ ਪੂਰੇ ਪਰਵਾਣੁ ॥੨॥ ਤਾ ਕਉ ਸਮਝਾਵਣ ਜਾਈਐ ਜੇ ਕੋ ਭੂਲਾ ਹੋਈ ॥ ਆਪੇ ਖੇਲ ਕਰੇ ਸਭ ਕਰਤਾ ਐਸਾ ਬੂਝੈ ਕੋਈ ॥੩॥ ਨਾਉ ਪ੍ਰਭਾਤੈ ਸਬਦਿ ਧਿਆਈਐ ਛੋਡਹੁ ਦੁਨੀ ਪਰੀਤਾ ॥ ਪ੍ਰਣਵਤਿ

ਨਾਨਕ ਦਾਸਨਿ ਦਾਸਾ ਜਗਿ ਹਾਰਿਆ ਤਿਨਿ ਜੀਤਾ ॥੪॥੯॥ ਪ੍ਰਭਾਤੀ ਮਹਲਾ ੧ ॥ ਮਨੁ ਮਾਇਆ ਮਨੁ ਧਾਇਆ ਮਨੁ ਪੰਖੀ ਆਕਾਸਿ ॥ ਤਸਕਰ ਸਬਦਿ ਨਿਵਾਰਿਆ ਨਗਰੁ ਵੁਠਾ ਸਾਬਾਸਿ ॥ ਜਾ ਤੂ ਰਾਖਹਿ ਰਾਖਿ ਲੈਹਿ ਸਾਬਤੁ ਹੋਵੈ ਰਾਸਿ ॥੧॥ ਐਸਾ ਨਾਮੁ ਰਤਨੁ ਨਿਧਿ ਮੇਰੈ ॥ ਗੁਰਮਤਿ ਦੇਹਿ ਲਗਉ ਪਗਿ ਤੇਰੈ ॥੧॥ ਰਹਾਉ ॥ ਮਨੁ ਜੋਗੀ ਮਨੁ ਭੋਗੀਆ ਮਨੁ ਮੂਰਖੁ ਗਾਵਾਰੁ ॥ ਮਨੁ ਦਾਤਾ ਮਨੁ ਮੰਗਤਾ ਮਨ ਸਿਰਿ ਗੁਰੁ ਕਰਤਾਰੁ ॥ ਪੰਚ ਮਾਰਿ ਸੁਖੁ ਪਾਇਆ ਐਸਾ ਬ੍ਰਹਮੁ ਵੀਚਾਰਿ ॥੨॥ ਘਟਿ ਘਟਿ ਏਕੁ ਵਖਾਣੀਐ ਕਹਉ ਨ ਦੇਖਿਆ ਜਾਇ ॥ ਖੋਟੋ ਪੂਠੋ ਰਾਲੀਐ ਬਿਨੁ ਨਾਵੈ ਪਤਿ ਜਾਇ ॥ ਜਾ ਤੂ ਮੇਲਹਿ ਤਾ ਮਿਲਿ ਰਹਾਂ ਜਾਂ ਤੇਰੀ ਹੋਇ ਰਜਾਇ ॥੩॥ ਜਾਤਿ ਜਨਮੁ ਨਹ ਪੂਛੀਐ ਸਚ ਘਰੁ ਲੇਹੁ ਬਤਾਇ ॥ ਸਾ ਜਾਤਿ ਸਾ ਪਤਿ ਹੈ ਜੇਹੇ ਕਰਮ ਕਮਾਇ ॥ ਜਨਮ ਮਰਨ ਦੁਖੁ ਕਾਟੀਐ ਨਾਨਕ ਛੂਟਸਿ ਨਾਇ ॥੪॥੧੦॥ ਪ੍ਰਭਾਤੀ ਮਹਲਾ ੧ ॥ ਜਾਗਤੁ ਬਿਗਸੈ ਮੂਠੋ ਅੰਧਾ ॥ ਗਲਿ ਫਾਹੀ ਸਿਰਿ ਮਾਰੇ ਧੰਧਾ ॥ ਆਸਾ ਆਵੈ ਮਨਸਾ ਜਾਇ ॥ ਉਰਝੀ ਤਾਣੀ ਕਿਛੁ ਨ ਬਸਾਇ ॥੧॥ ਜਾਗਸਿ ਜੀਵਣ ਜਾਗਣਹਾਰਾ ॥ ਸੁਖ ਸਾਗਰ ਅੰਮ੍ਰਿਤ ਭੰਡਾਰਾ ॥੧॥ ਰਹਾਉ ॥ ਕਹਿਓ ਨ ਬੂਝੈ ਅੰਧੁ ਨ ਸੂਝੈ ਭੋਂਡੀ ਕਾਰ ਕਮਾਈ ॥ ਆਪੇ ਪ੍ਰੀਤਿ ਪ੍ਰੇਮ ਪਰਮੇਸੁਰੁ ਕਰਮੀ ਮਿਲੈ ਵਡਾਈ ॥੨॥ ਦਿਨੁ ਦਿਨੁ ਆਵੈ ਤਿਲੁ ਤਿਲੁ ਛੀਜੈ ਮਾਇਆ ਮੋਹੁ ਘਟਾਈ ॥ ਬਿਨੁ ਗੁਰ ਬੂਡੋ ਠਉਰ ਨ ਪਾਵੈ ਜਬ ਲਗ ਦੂਜੀ ਰਾਈ ॥੩॥ ਅਹਿਨਿਸਿ ਜੀਆ ਦੇਖਿ ਸਮ੍ਾਲੈ ਸੁਖੁ ਦੁਖੁ ਪੁਰਬਿ ਕਮਾਈ ॥ ਕਰਮਹੀਣੁ ਸਚੁ ਭੀਖਿਆ ਮਾਂਗੈ ਨਾਨਕ ਮਿਲੈ ਵਡਾਈ ॥੪॥੧੧॥ ਪ੍ਰਭਾਤੀ ਮਹਲਾ ੧ ॥ ਮਸਟਿ ਕਰਉ ਮੂਰਖੁ ਜਗਿ ਕਹੀਆ ॥ ਅਧਿਕ ਬਕਉ ਤੇਰੀ ਲਿਵ ਰਹੀਆ ॥ ਭੂਲ ਚੂਕ ਤੇਰੈ ਦਰਬਾਰਿ ॥ ਨਾਮ ਬਿਨਾ ਕੈਸੇ ਆਚਾਰ ॥੧॥ ਐਸੇ ਝੂਠਿ ਮੁਠੇ ਸੰਸਾਰਾ ॥ ਨਿੰਦਕੁ ਨਿੰਦੈ ਮੁਝੈ ਪਿਆਰਾ ॥੧॥ ਰਹਾਉ ॥ ਜਿਸੁ ਨਿੰਦਹਿ ਸੋਈ ਬਿਧਿ ਜਾਣੈ ॥ ਗੁਰ ਕੈ ਸਬਦੇ ਦਰਿ ਨੀਸਾਣੈ ॥ ਕਾਰਣ ਨਾਮੁ ਅੰਤਰਗਤਿ ਜਾਣੈ ॥ ਜਿਸ ਨੋ ਨਦਰਿ ਕਰੇ ਸੋਈ ਬਿਧਿ ਜਾਣੈ ॥੨॥ ਮੈ ਮੈਲੌ ਊਜਲੁ ਸਚੁ ਸੋਇ ॥ ਊਤਮੁ ਆਖਿ ਨ ਊਚਾ ਹੋਇ ॥ ਮਨਮੁਖੁ ਖੂਲਿ੍ ਮਹਾ ਬਿਖੁ ਖਾਇ ॥ ਗੁਰਮੁਖਿ ਹੋਇ ਸੁ ਰਾਚੈ ਨਾਇ ॥੩॥ ਅੰਧੌ ਬੋਲੌ ਮੁਗਧੁ ਗਵਾਰੁ ॥ ਹੀਣੌ ਨੀਚੁ ਬੁਰੌ ਬੁਰਿਆਰੁ ॥ ਨੀਧਨ ਕੌ ਧਨੁ ਨਾਮੁ ਪਿਆਰੁ ॥ ਇਹੁ ਧਨੁ ਸਾਰੁ ਹੋਰੁ ਬਿਖਿਆ

ਛਾਰੁ ॥੪॥ ਉਸਤਤਿ ਨਿੰਦਾ ਸਬਦੁ ਵੀਚਾਰੁ ॥ ਜੋ ਦੇਵੈ ਤਿਸ ਕਉ ਜੈਕਾਰੁ ॥ ਤੂ ਬਖਸਹਿ ਜਾਤਿ ਪਤਿ ਹੋਇ ॥ ਨਾਨਕੁ ਕਹੈ ਕਹਾਵੈ ਸੋਇ ॥੫॥੧੨॥ ਪ੍ਰਭਾਤੀ ਮਹਲਾ ੧ ॥ ਖਾਇਆ ਮੈਲੁ ਵਧਾਇਆ ਪੈਧੈ ਘਰ ਕੀ ਹਾਨਿ ॥ ਬਕਿ ਬਕਿ ਵਾਦੁ ਚਲਾਇਆ ਬਿਨੁ ਨਾਵੈ ਬਿਖੁ ਜਾਨਿ ॥੧॥ ਬਾਬਾ ਐਸਾ ਬਿਖਮ ਜਾਲਿ ਮਨੁ ਵਾਸਿਆ ॥ ਬਿਬਲੁ ਝਾਗਿ ਸਹਜਿ ਪਰਗਾਸਿਆ ॥੧॥ ਰਹਾਉ ॥ ਬਿਖੁ ਖਾਣਾ ਬਿਖੁ ਬੋਲਣਾ ਬਿਖੁ ਕੀ ਕਾਰ ਕਮਾਇ ॥ ਜਮ ਦਰਿ ਬਾਧੇ ਮਾਰੀਅਹਿ ਛੂਟਸਿ ਸਾਚੈ ਨਾਇ ॥੨॥ ਜਿਵ ਆਇਆ ਤਿਵ ਜਾਇਸੀ ਕੀਆ ਲਿਖਿ ਲੈ ਜਾਇ ॥ ਮਨਮੁਖਿ ਮੂਲੁ ਗਵਾਇਆ ਦਰਗਹ ਮਿਲੈ ਸਜਾਇ ॥੩॥ ਜਗੁ ਖੋਟੌ ਸਚੁ ਨਿਰਮਲੌ ਗੁਰ ਸਬਦੀਂ ਵੀਚਾਰਿ ॥ ਤੇ ਨਰ ਵਿਰਲੇ ਜਾਣੀਅਹਿ ਜਿਨ ਅੰਤਰਿ ਗਿਆਨੁ ਮੁਰਾਰਿ ॥੪॥ ਅਜਰੁ ਜਰੈ ਨੀਝਰੁ ਝਰੈ ਅਮਰ ਅਨੰਦ ਸਰੂਪ ॥ ਨਾਨਕੁ ਜਲ ਕੌ ਮੀਨੁ ਸੈ ਥੇ ਭਾਵੈ ਰਾਖਹੁ ਪ੍ਰੀਤਿ ॥੫॥੧੩॥ ਪ੍ਰਭਾਤੀ ਮਹਲਾ ੧ ॥ ਗੀਤ ਨਾਦ ਹਰਖ ਚਤੁਰਾਈ ॥ ਰਹਸ ਰੰਗ ਫੁਰਮਾਇਸਿ ਕਾਈ ॥ ਪੈਨ੍ਣੁ ਖਾਣਾ ਚੀਤਿ ਨ ਪਾਈ ॥ ਸਾਚੁ ਸਹਜੁ ਸੁਖੁ ਨਾਮਿ ਵਸਾਈ ॥੧॥ ਕਿਆ ਜਾਨਾਂ ਕਿਆ ਕਰੈ ਕਰਾਵੈ ॥ ਨਾਮ ਬਿਨਾ ਤਨਿ ਕਿਛੁ ਨ ਸੁਖਾਵੈ ॥੧॥ ਰਹਾਉ ॥ ਜੋਗ ਬਿਨੋਦ ਸ੍ਵਾਦ ਆਨੰਦਾ ॥ ਮਤਿ ਸਤ ਭਾਇ ਭਗਤਿ ਗੋਬਿੰਦਾ ॥ ਕੀਰਤਿ ਕਰਮ ਕਾਰ ਨਿਜ ਸੰਦਾ ॥ ਅੰਤਰਿ ਰਵਤੌ ਰਾਜ ਰਵਿੰਦਾ ॥੨॥ ਪ੍ਰਿਉ ਪ੍ਰਿਉ ਪ੍ਰੀਤਿ ਪ੍ਰੇਮਿ ਉਰ ਧਾਰੀ ॥ ਦੀਨਾ ਨਾਥੁ ਪੀਉ ਬਨਵਾਰੀ ॥ ਅਨਦਿਨੁ ਨਾਮੁ ਦਾਨੁ ਬ੍ਰਤਕਾਰੀ ॥ ਤ੍ਰਿਪਤਿ ਤਰੰਗ ਤਤੁ ਬੀਚਾਰੀ ॥੩॥ ਅਕਥੌ ਕਥਉ ਕਿਆ ਮੈ ਜੋਰੁ ॥ ਭਗਤਿ ਕਰੀ ਕਰਾਇਹਿ ਮੋਰ ॥ ਅੰਤਰਿ ਵਸੈ ਚੂਕੈ ਮੈ ਮੋਰ ॥ ਕਿਸੁ ਸੇਵੀ ਦੂਜਾ ਨਹੀ ਹੋਰੁ ॥੪॥ ਗੁਰ ਕਾ ਸਬਦੁ ਮਹਾ ਰਸੁ ਮੀਠਾ ॥ ਐਸਾ ਅੰਮ੍ਰਿਤੁ ਅੰਤਰਿ ਡੀਠਾ ॥ ਜਿਨਿ ਚਾਖਿਆ ਪੂਰਾ ਪਦੁ ਹੋਇ ॥ ਨਾਨਕ ਧ੍ਰਾਪਿਓ ਤਨਿ ਸੁਖੁ ਹੋਇ ॥੫॥੧੪॥ ਪ੍ਰਭਾਤੀ ਮਹਲਾ ੧ ॥ ਅੰਤਰਿ ਦੇਖਿ ਸਬਦਿ ਮਨੁ ਮਾਨਿਆ ਅਵਰੁ ਨ ਰਾਂਗਨਹਾਰਾ ॥ ਅਹਿਨਿਸਿ ਜੀਆ ਦੇਖਿ ਸਮਾਲੇ ਤਿਸ ਹੀ ਕੀ ਸਰਕਾਰਾ ॥੧॥ ਮੇਰਾ ਪ੍ਰਭੁ ਰਾਂਗਿ ਘਣੌ ਅਤਿ ਰੂੜੌ ॥ ਦੀਨ ਦਇਆਲੁ ਪ੍ਰੀਤਮ ਮਨਮੋਹਨੁ ਅਤਿ ਰਸ ਲਾਲ ਸਗੂੜੌ ॥੧॥ ਰਹਾਉ ॥ ਊਪਰਿ ਕੂਪੁ ਗਗਨ ਪਨਿਹਾਰੀ ਅੰਮ੍ਰਿਤੁ ਪੀਵਣਹਾਰਾ ॥ ਜਿਸ ਕੀ ਰਚਨਾ ਸੋ ਬਿਧਿ ਜਾਣੈ ਗੁਰਮੁਖਿ ਗਿਆਨੁ ਵੀਚਾਰਾ ॥੨॥ ਪਸਰੀ ਕਿਰਣਿ ਰਸਿ ਕਮਲ ਬਿਗਾਸੇ ਸਸਿ ਘਰਿ ਸੂਰੁ

ਸਮਾਇਆ ॥ ਕਾਲੁ ਬਿਧੁੰਸਿ ਮਨਸਾ ਮਨਿ ਮਾਰੀ ਗੁਰ ਪ੍ਰਸਾਦਿ ਪ੍ਰਭੁ ਪਾਇਆ ॥੩॥ ਅਤਿ ਰਸਿ ਰੰਗਿ ਚਲੂਲੈ ਰਾਤੀ ਦੂਜਾ ਰੰਗੁ ਨ ਕੋਈ ॥ ਨਾਨਕ ਰਸਨਿ ਰਸਾਏ ਰਾਤੇ ਰਵਿ ਰਹਿਆ ਪ੍ਰਭੁ ਸੋਈ ॥੪॥੧੫॥ ਪ੍ਰਭਾਤੀ ਮਹਲਾ ੧ ॥ ਬਾਰਹ ਮਹਿ ਰਾਵਲ ਖਪਿ ਜਾਵਹਿ ਚਹੁ ਛਿਅ ਮਹਿ ਸੰਨਿਆਸੀ ॥ ਜੋਗੀ ਕਾਪੜੀਆ ਸਿਰਖੂਥੇ ਬਿਨੁ ਸਬਦੈ ਗਲਿ ਫਾਸੀ ॥੧॥ ਸਬਦਿ ਰਤੇ ਪੂਰੇ ਬੈਰਾਗੀ ॥ ਅਉਹਠਿ ਹਸਤ ਮਹਿ ਭੀਖਿਆ ਜਾਚੀ ਏਕ ਭਾਇ ਲਿਵ ਲਾਗੀ ॥੧॥ ਰਹਾਉ ॥ ਬ੍ਰਹਮਣ ਵਾਦੁ ਪੜਹਿ ਕਰਿ ਕਿਰਿਆ ਕਰਣੀ ਕਰਮ ਕਰਾਏ ॥ ਬਿਨੁ ਬੂਝੇ ਕਿਛੁ ਸੂਝੈ ਨਾਹੀ ਮਨਮੁਖੁ ਵਿਛੁੜਿ ਦੁਖੁ ਪਾਏ ॥੨॥ ਸਬਦਿ ਮਿਲੇ ਸੇ ਸੂਚਾਚਾਰੀ ਸਾਚੀ ਦਰਗਹ ਮਾਨੇ ॥ ਅਨਦਿਨੁ ਨਾਮਿ ਰਤਨਿ ਲਿਵ ਲਾਗੇ ਜੁਗਿ ਜੁਗਿ ਸਾਚਿ ਸਮਾਨੇ ॥੩॥ ਸਗਲੇ ਕਰਮ ਧਰਮ ਸੁਚਿ ਸੰਜਮ ਜਪ ਤਪ ਤੀਰਥ ਸਬਦਿ ਵਸੇ ॥ ਨਾਨਕ ਸਤਿਗੁਰ ਮਿਲੈ ਮਿਲਾਇਆ ਦੂਖ ਪਰਾਛਤ ਕਾਲ ਨਸੇ ॥੪॥੧੬॥ ਪ੍ਰਭਾਤੀ ਮਹਲਾ ੧ ॥ ਸੰਤਾ ਕੀ ਰੇਣੁ ਸਾਧ ਜਨ ਸੰਗਤਿ ਹਰਿ ਕੀਰਤਿ ਤਰੁ ਤਾਰੀ ॥ ਕਹਾ ਕਰੈ ਬਪੁਰਾ ਜਮੁ ਡਰਪੈ ਗੁਰਮੁਖਿ ਰਿਦੈ ਮੁਰਾਰੀ ॥੧॥ ਜਲਿ ਜਾਉ ਜੀਵਨੁ ਨਾਮ ਬਿਨਾ ॥ ਹਰਿ ਜਪਿ ਜਾਪੁ ਜਪਉ ਜਪਮਾਲੀ ਗੁਰਮੁਖਿ ਆਵੈ ਸਾਦੁ ਮਨਾ ॥੧॥ ਰਹਾਉ ॥ ਗੁਰ ਉਪਦੇਸ ਸਾਚੁ ਸੁਖੁ ਜਾ ਕਉ ਕਿਆ ਤਿਸੁ ਉਪਮਾ ਕਹੀਐ ॥ ਲਾਲ ਜਵੇਹਰ ਰਤਨ ਪਦਾਰਥ ਖੋਜਤ ਗੁਰਮੁਖਿ ਲਹੀਐ ॥੨॥ ਚੀਨੈ ਗਿਆਨੁ ਧਿਆਨੁ ਧਨੁ ਸਾਚੌ ਏਕ ਸਬਦਿ ਲਿਵ ਲਾਵੈ ॥ ਨਿਰਾਲੰਬੁ ਨਿਰਹਾਰੁ ਨਿਹਕੇਵਲੁ ਨਿਰਭਉ ਤਾੜੀ ਲਾਵੈ ॥੩॥ ਸਾਇਰ ਸਪਤ ਭਰੇ ਜਲ ਨਿਰਮਲਿ ਉਲਟੀ ਨਾਵ ਤਰਾਵੈ ॥ ਬਾਹਰਿ ਜਾਤੌ ਠਾਕਿ ਰਹਾਵੈ ਗੁਰਮੁਖਿ ਸਹਜਿ ਸਮਾਵੈ ॥੪॥ ਸੋ ਗਿਰਹੀ ਸੋ ਦਾਸੁ ਉਦਾਸੀ ਜਿਨਿ ਗੁਰਮੁਖਿ ਆਪੁ ਪਛਾਨਿਆ ॥ ਨਾਨਕੁ ਕਹੈ ਅਵਰੁ ਨਹੀ ਦੂਜਾ ਸਾਚ ਸਬਦਿ ਮਨੁ ਮਾਨਿਆ ॥੫॥੧੭॥

ਅੰਗ 1332 ਤੋਂ ਰਾਗੁ ਪ੍ਰਭਾਤੀ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1335 ਤੱਕ ਹੈ।

ਅੰਗ 1335 ਤੋਂ ਪ੍ਰਭਾਤੀ ਮਹਲਾ ੪ ਬਿਭਾਸ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1337 ਤੱਕ ਹੈ।

ਅੰਗ 1337 ਤੋਂ ਪ੍ਰਭਾਤੀ ਮਹਲਾ ੫ ਬਿਭਾਸ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1341 ਤੱਕ ਹੈ।

ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ

ਅੰਗ 1342 ਤੋਂ ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1346 ਤੱਕ ਹੈ।

ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ ੴ ਸਤਿਗੁਰ ਪ੍ਰਸਾਦਿ ॥

ਦੁਬਿਧਾ ਬਉਰੀ ਮਨੁ ਬਉਰਾਇਆ ॥ ਝੂਠੈ ਲਾਲਚਿ ਜਨਮੁ ਗਵਾਇਆ ॥ ਲਪਟਿ ਰਹੀ ਫੁਨਿ ਬੰਧੁ ਨ ਪਾਇਆ ॥ ਸਤਿਗੁਰਿ ਰਾਖੇ ਨਾਮੁ ਦ੍ਰਿੜਾਇਆ ॥੧॥ ਨਾ ਮਨੁ ਮਰੈ ਨ ਮਾਇਆ ਮਰੈ ॥ ਜਿਨਿ ਕਿਛੁ ਕੀਆ ਸੋਈ ਜਾਣੈ ਸਬਦੁ ਵੀਚਾਰਿ ਭਉ ਸਾਗਰੁ ਤਰੈ ॥੧॥ ਰਹਾਉ ॥ ਮਾਇਆ ਸੰਚਿ ਰਾਜੇ ਅਹੰਕਾਰੀ ॥ ਮਾਇਆ ਸਾਥਿ ਨ ਚਲੈ ਪਿਆਰੀ ॥ ਮਾਇਆ ਮਮਤਾ ਹੈ ਬਹੁ ਰੰਗੀ ॥ ਬਿਨੁ ਨਾਵੈ ਕੋ ਸਾਥਿ ਨ ਸੰਗੀ ॥੨॥ ਜਿਉ ਮਨੁ ਦੇਖਹਿ ਪਰ ਮਨੁ ਤੈਸਾ ॥ ਜੈਸੀ ਮਨਸਾ ਤੈਸੀ ਦਸਾ ॥ ਜੈਸਾ ਕਰਮੁ ਤੈਸੀ ਲਿਵ ਲਾਵੈ ॥ ਸਤਿਗੁਰੁ ਪੂਛਿ ਸਹਜ ਘਰੁ ਪਾਵੈ ॥੩॥ ਰਾਗਿ ਨਾਦਿ ਮਨੁ ਦੂਜੈ ਭਾਇ ॥ ਅੰਤਰਿ ਕਪਟੁ ਮਹਾ ਦੁਖੁ ਪਾਇ ॥ ਸਤਿਗੁਰੁ ਭੇਟੈ ਸੋਝੀ

ਪਾਇ ॥ ਸਚੈ ਨਾਮਿ ਰਹੈ ਲਿਵ ਲਾਇ ॥੪॥ ਸਚੈ ਸਬਦਿ ਸਚੁ ਕਮਾਵੈ ॥ ਸਚੀ ਬਾਣੀ ਹਰਿ ਗੁਣ ਗਾਵੈ ॥ ਨਿਜ ਘਰਿ ਵਾਸੁ ਅਮਰ ਪਦੁ ਪਾਵੈ ॥ ਤਾ ਦਰਿ ਸਾਚੈ ਸੋਭਾ ਪਾਵੈ ॥੫॥ ਗੁਰ ਸੇਵਾ ਬਿਨੁ ਭਗਤਿ ਨ ਹੋਈ ॥ ਅਨੇਕ ਜਤਨ ਕਰੈ ਜੇ ਕੋਈ ॥ ਹਉਮੈ ਮੇਰਾ ਸਬਦੇ ਖੋਈ ॥ ਨਿਰਮਲ ਨਾਮੁ ਵਸੈ ਮਨਿ ਸੋਈ ॥੬॥ ਇਸੁ ਜਗ ਮਹਿ ਸਬਦੁ ਕਰਣੀ ਹੈ ਸਾਰੁ ॥ ਬਿਨੁ ਸਬਦੈ ਹੋਰੁ ਮੋਹੁ ਗੁਬਾਰੁ ॥ ਸਬਦੇ ਨਾਮੁ ਰਖੈ ਉਰਿ ਧਾਰਿ ॥ ਸਬਦੇ ਗਤਿ ਮਤਿ ਮੋਖ ਦੁਆਰੁ ॥੭॥ ਅਵਰੁ ਨਾਹੀ ਕਰਿ ਦੇਖਣਹਾਰੋ ॥ ਸਾਚਾ ਆਪਿ ਅਨੂਪੁ ਅਪਾਰੋ ॥ ਰਾਮ ਨਾਮ ਊਤਮ ਗਤਿ ਹੋਈ ॥ ਨਾਨਕ ਖੋਜਿ ਲਹੈ ਜਨੁ ਕੋਈ ॥੮॥੧॥ ਪ੍ਰਭਾਤੀ ਮਹਲਾ ੧ ॥ ਮਾਇਆ ਮੋਹਿ ਸਗਲ ਜਗੁ ਛਾਇਆ ॥ ਕਾਮਣਿ ਦੇਖਿ ਕਾਮਿ ਲੋਭਾਇਆ ॥ ਸੁਤ ਕੰਚਨ ਸਿਉ ਹੇਤੁ ਵਧਾਇਆ ॥ ਸਭੁ ਕਿਛੁ ਅਪਨਾ ਇਕੁ ਰਾਮੁ ਪਰਾਇਆ ॥੧॥ ਐਸਾ ਜਾਪੁ ਜਪਉ ਜਪਮਾਲੀ ॥ ਦੁਖ ਸੁਖ ਪਰਹਿਰ ਭਗਤਿ ਨਿਰਾਲੀ ॥੧॥ ਰਹਾਉ ॥ ਗੁਣ ਨਿਧਾਨ ਤੇਰਾ ਅੰਤੁ ਨ ਪਾਇਆ ॥ ਸਾਚ ਸਬਦਿ ਤੁਝ ਮਾਹਿ ਸਮਾਇਆ ॥ ਆਵਾ ਗਉਣੁ ਤੁਧੁ ਆਪਿ ਰਚਾਇਆ ॥ ਸੇਈ ਭਗਤ ਜਿਨ ਸਚਿ ਚਿਤੁ ਲਾਇਆ ॥੨॥ ਗਿਆਨੁ ਧਿਆਨੁ ਨਰਹਰਿ ਨਿਰਬਾਣੀ ॥ ਬਿਨੁ ਸਤਿਗੁਰ ਭੇਟੇ ਕੋਇ ਨ ਜਾਣੀ ॥ ਸਗਲ ਸਰੋਵਰ ਜੋਤਿ ਸਮਾਣੀ ॥ ਆਨਦ ਰੂਪ ਵਿਟਹੁ ਕੁਰਬਾਣੀ ॥੩॥ ਭਾਉ ਭਗਤਿ ਗੁਰਮਤੀ ਪਾਏ ॥ ਹਉਮੈ ਵਿਚਹੁ ਸਬਦਿ ਜਲਾਏ ॥ ਧਾਵਤੁ ਰਾਖੈ ਠਾਕਿ ਰਹਾਏ ॥ ਸਚਾ ਨਾਮੁ ਮੰਨਿ ਵਸਾਏ ॥੪॥ ਬਿਸਮ ਬਿਨੋਦ ਰਹੇ ਪਰਮਾਦੀ ॥ ਗੁਰਮਤਿ ਮਾਨਿਆ ਏਕ ਲਿਵ ਲਾਗੀ ॥ ਦੇਖਿ ਨਿਵਾਰਿਆ ਜਲ ਮਹਿ ਆਗੀ ॥ ਸੋ ਬੂਝੈ ਹੋਵੈ ਵਡਭਾਗੀ ॥੫॥ ਸਤਿਗੁਰੁ ਸੇਵੇ ਭਰਮੁ ਚੁਕਾਏ ॥ ਅਨਦਿਨੁ ਜਾਗੈ ਸਚਿ ਲਿਵ ਲਾਏ ॥ ਏਕੋ ਜਾਣੈ ਅਵਰੁ ਨ ਕੋਇ ॥ ਸੁਖਦਾਤਾ ਸੇਵੇ ਨਿਰਮਲੁ ਹੋਇ ॥੬॥ ਸੇਵਾ ਸੁਰਤਿ ਸਬਦਿ ਵੀਚਾਰਿ ॥ ਜਪੁ ਤਪੁ ਸੰਜਮੁ ਹਉਮੈ ਮਾਰਿ ॥ ਜੀਵਨ ਮੁਕਤੁ ਜਾ ਸਬਦੁ ਸੁਣਾਏ ॥ ਸਚੀ ਰਹਤ ਸਚਾ ਸੁਖੁ ਪਾਏ ॥੭॥ ਸੁਖਦਾਤਾ ਦੁਖੁ ਮੇਟਣਹਾਰਾ ॥ ਅਵਰੁ ਨ ਸੂਝਸਿ ਬੀਜੀ ਕਾਰਾ ॥ ਤਨੁ ਮਨੁ ਧਨੁ ਹਰਿ ਆਗੈ ਰਾਖਿਆ ॥ ਨਾਨਕੁ ਕਹੈ ਮਹਾ ਰਸੁ ਚਾਖਿਆ ॥੮॥੨॥ ਪ੍ਰਭਾਤੀ ਮਹਲਾ ੧ ॥ ਨਿਵਲੀ ਕਰਮ ਭੁਅੰਗਮ ਭਾਠੀ ਰੇਚਕ ਪੂਰਕ ਕੁੰਭ ਕਰੈ ॥ ਬਿਨੁ ਸਤਿਗੁਰ ਕਿਛੁ ਸੋਝੀ ਨਾਹੀ ਭਰਮੇ ਭੂਲਾ ਬੂਡਿ ਮਰੈ ॥ ਅੰਧਾ ਭਰਿਆ ਭਰਿ ਭਰਿ ਧੋਵੈ ਅੰਤਰ ਕੀ

ਮਲੁ ਕਦੇ ਨ ਲਹੈ ॥ ਨਾਮ ਬਿਨਾ ਫੋਕਟ ਸਭਿ ਕਰਮਾ ਜਿਉ ਬਾਜੀਗਰੁ ਭਰਮਿ ਭੁਲੈ ॥੧॥ ਖਟੁ ਕਰਮ ਨਾਮੁ ਨਿਰੰਜਨੁ ਸੋਈ ॥ ਤੂ ਗੁਣ ਸਾਗਰੁ ਅਵਗੁਣ ਮੋਹੀ ॥੧॥ ਰਹਾਉ ॥ ਮਾਇਆ ਧੰਧਾ ਧਾਵਣੀ ਦੁਰਮਤਿ ਕਾਰ ਬਿਕਾਰ ॥ ਮੂਰਖੁ ਆਪੁ ਗਣਾਇਦਾ ਬੂਝਿ ਨ ਸਕੈ ਕਾਰ ॥ ਮਨਸਾ ਮਾਇਆ ਮੋਹਣੀ ਮਨਮੁਖ ਬੋਲ ਖੁਆਰ ॥ ਮਜਨੁ ਝੂਠਾ ਚੰਡਾਲ ਕਾ ਫੋਕਟ ਚਾਰ ਸੀਂਗਾਰ ॥੨॥ ਝੂਠੀ ਮਨ ਕੀ ਮਤਿ ਹੈ ਕਰਣੀ ਬਾਦਿ ਬਿਬਾਦੁ ॥ ਝੂਠੇ ਵਿਚਿ ਅਹੰਕਰਣੁ ਹੈ ਖਸਮ ਨ ਪਾਵੈ ਸਾਦੁ ॥ ਬਿਨੁ ਨਾਵੈ ਹੋਰੁ ਕਮਾਵਣਾ ਫਿਕਾ ਆਵੈ ਸਾਦੁ ॥ ਦੁਸਟੀ ਸਭਾ ਵਿਗੁਚੀਐ ਬਿਖੁ ਵਾਤੀ ਜੀਵਣ ਬਾਦਿ ॥੩॥ ਏ ਭ੍ਰਮਿ ਭੂਲੇ ਮਰਹੁ ਨ ਕੋਈ ॥ ਸਤਿਗੁਰੁ ਸੇਵਿ ਸਦਾ ਸੁਖੁ ਹੋਈ ॥ ਬਿਨੁ ਸਤਿਗੁਰ ਮੁਕਤਿ ਕਿਨੈ ਨ ਪਾਈ ॥ ਆਵਹਿ ਜਾਂਹਿ ਮਰਹਿ ਮਰਿ ਜਾਈ ॥੪॥ ਏਹੁ ਸਰੀਰੁ ਹੈ ਤ੍ਰੈ ਗੁਣ ਧਾਤੁ ॥ ਇਸ ਨੋ ਵਿਆਪੈ ਸੋਗ ਸੰਤਾਪੁ ॥ ਸੋ ਸੇਵਹੁ ਜਿਸੁ ਮਾਈ ਨ ਬਾਪੁ ॥ ਵਿਚਹੁ ਚੂਕੈ ਤਿਸਨਾ ਅਰੁ ਆਪੁ ॥੫॥ ਜਹ ਜਹ ਦੇਖਾ ਤਹ ਤਹ ਸੋਈ ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਹੋਈ ॥ ਹਿਰਦੈ ਸਚੁ ਏਹ ਕਰਣੀ ਸਾਰੁ ॥ ਹੋਰੁ ਸਭੁ ਪਾਖੰਡੁ ਪੂਜ ਖੁਆਰੁ ॥੬॥ ਦੁਬਿਧਾ ਚੂਕੈ ਤਾਂ ਸਬਦੁ ਪਛਾਣੁ ॥ ਘਰਿ ਬਾਹਰਿ ਏਕੋ ਕਰਿ ਜਾਣੁ ॥ ਏਹਾ ਮਤਿ ਸਬਦੁ ਹੈ ਸਾਰੁ ॥ ਵਿਚਿ ਦੁਬਿਧਾ ਮਾਥੈ ਪਵੈ ਛਾਰੁ ॥੭॥ ਕਰਣੀ ਕੀਰਤਿ ਗੁਰਮਤਿ ਸਾਰੁ ॥ ਸੰਤ ਸਭਾ ਗੁਣ ਗਿਆਨੁ ਬੀਚਾਰੁ ॥ ਮਨੁ ਮਾਰੇ ਜੀਵਤ ਮਰਿ ਜਾਣੁ ॥ ਨਾਨਕ ਨਦਰੀ ਨਦਰਿ ਪਛਾਣੁ ॥੮॥੩॥ ਪ੍ਰਭਾਤੀ ਮਹਲਾ ੧ ਦਖਣੀ ॥ ਗੋਤਮੁ ਤਪਾ ਅਹਿਲਿਆ ਇਸਤ੍ਰੀ ਤਿਸੁ ਦੇਖਿ ਇੰਦ੍ਰੁ ਲੁਭਾਇਆ ॥ ਸਹਸ ਸਰੀਰ ਚਿਹਨ ਭਗ ਹੂਏ ਤਾ ਮਨਿ ਪਛੋਤਾਇਆ ॥੧॥ ਕੋਈ ਜਾਨਿ ਨ ਭੂਲੈ ਭਾਈ ॥ ਸੋ ਭੂਲੈ ਜਿਸੁ ਆਪਿ ਭੁਲਾਏ ਬੂਝੈ ਜਿਸੈ ਬੁਝਾਈ ॥੧॥ ਰਹਾਉ ॥ ਤਿਨਿ ਹਰੀ ਚੰਦਿ ਪ੍ਰਿਥਮੀ ਪਤਿ ਰਾਜੈ ਕਾਗਦਿ ਕੀਮ ਨ ਪਾਈ ॥ ਅਉਗਣੁ ਜਾਣੈ ਤ ਪੁੰਨ ਕਰੇ ਕਿਉ ਕਿਉ ਨੇਖਾਸਿ ਬਿਕਾਈ ॥੨॥ ਕਰਉ ਅਢਾਈ ਧਰਤੀ ਮਾਂਗੀ ਬਾਵਨ ਰੂਪਿ ਬਹਾਨੈ ॥ ਕਿਉ ਪਇਆਲਿ ਜਾਇ ਕਿਉ ਛਲੀਐ ਜੇ ਬਲਿ ਰੂਪੁ ਪਛਾਨੈ ॥੩॥ ਰਾਜਾ ਜਨਮੇਜਾ ਦੇ ਮਤੀਂ ਬਰਜਿ ਬਿਆਸਿ ਪੜ੍ਹਾਇਆ ॥ ਤਿਨ੍ਹਿ ਕਰਿ ਜਗ ਅਠਾਰਹ ਘਾਏ ਕਿਰਤੁ ਨ ਚਲੈ ਚਲਾਇਆ ॥੪॥ ਗਣਤ ਨ ਗਣੀਂ ਹੁਕਮੁ ਪਛਾਣਾ ਬੋਲੀ ਭਾਇ ਸੁਭਾਈ ॥ ਜੋ ਕਿਛੁ ਵਰਤੈ ਤੁਧੈ ਸਲਾਹੀਂ ਸਭ ਤੇਰੀ ਵਡਿਆਈ ॥੫॥ ਗੁਰਮੁਖਿ

ਅਲਿਪਤੁ ਲੇਪੁ ਕਦੇ ਨ ਲਾਗੈ ਸਦਾ ਰਹੈ ਸਰਣਾਈ ॥ ਮਨਮੁਖੁ ਮੁਗਧੁ ਆਗੈ ਚੇਤੈ ਨਾਹੀ ਦੁਖਿ ਲਾਗੈ ਪਛੁਤਾਈ ॥੬॥ ਆਪੇ ਕਰੇ ਕਰਾਏ ਕਰਤਾ ਜਿਨਿ ਏਹ ਰਚਨਾ ਰਚੀਐ ॥ ਹਰਿ ਅਭਿਮਾਨੁ ਨ ਜਾਈ ਜੀਅਹੁ ਅਭਿਮਾਨੇ ਪੈ ਪਚੀਐ ॥੭॥ ਭੁਲਣ ਵਿਚਿ ਕੀਆ ਸਭੁ ਕੋਈ ਕਰਤਾ ਆਪਿ ਨ ਭੁਲੈ ॥ ਨਾਨਕ ਸਚਿ ਨਾਮਿ ਨਿਸਤਾਰਾ ਕੋ ਗੁਰ ਪਰਸਾਦਿ ਅਘੁਲੈ ॥੮॥੪॥ ਪ੍ਰਭਾਤੀ ਮਹਲਾ ੧ ॥ ਆਖਣਾ ਸੁਨਣਾ ਨਾਮੁ ਅਧਾਰੁ ॥ ਧੰਧਾ ਛੁਟਕਿ ਗਇਆ ਵੇਕਾਰੁ ॥ ਜਿਉ ਮਨਮੁਖਿ ਦੂਜੈ ਪਤਿ ਖੋਈ ॥ ਬਿਨੁ ਨਾਵੈ ਮੈ ਅਵਰੁ ਨ ਕੋਈ ॥੧॥ ਸੁਣਿ ਮਨ ਅੰਧੇ ਮੂਰਖ ਗਵਾਰ ॥ ਆਵਤ ਜਾਤ ਲਾਜ ਨਹੀ ਲਾਗੈ ਬਿਨੁ ਗੁਰ ਬੂਡੈ ਬਾਰੋ ਬਾਰ ॥੧॥ ਰਹਾਉ ॥ ਇਸੁ ਮਨ ਮਾਇਆ ਮੋਹਿ ਬਿਨਾਸੁ ॥ ਧੁਰਿ ਹੁਕਮੁ ਲਿਖਿਆ ਤਾਂ ਕਹੀਐ ਕਾਸੁ ॥ ਗੁਰਮੁਖਿ ਵਿਰਲਾ ਚੀਨ੍ਹੈ ਕੋਈ ॥ ਨਾਮ ਬਿਹੂਨਾ ਮੁਕਤਿ ਨ ਹੋਈ ॥੨॥ ਭ੍ਰਮਿ ਭ੍ਰਮਿ ਡੋਲੈ ਲਖ ਚਉਰਾਸੀ ॥ ਬਿਨੁ ਗੁਰ ਬੂਝੇ ਜਮ ਕੀ ਫਾਸੀ ॥ ਇਹੁ ਮਨੂਆ ਖਿਨੁ ਖਿਨੁ ਊਭਿ ਪਇਆਲਿ ॥ ਗੁਰਮੁਖਿ ਛੂਟੈ ਨਾਮੁ ਸਮ੍ਹਾਲਿ ॥੩॥ ਆਪੇ ਸਦੇ ਢਿਲ ਨ ਹੋਇ ॥ ਸਬਦਿ ਮਰੈ ਸਹਿਲਾ ਜੀਵੈ ਸੋਇ ॥ ਬਿਨੁ ਗੁਰ ਸੋਝੀ ਕਿਸੈ ਨ ਹੋਇ ॥ ਆਪੇ ਕਰੈ ਕਰਾਵੈ ਸੋਇ ॥੪॥ ਝਗੜੁ ਚੁਕਾਵੈ ਹਰਿ ਗੁਣ ਗਾਵੈ ॥ ਪੂਰਾ ਸਤਿਗੁਰੁ ਸਹਜਿ ਸਮਾਵੈ ॥ ਇਹੁ ਮਨੁ ਡੋਲਤ ਤਉ ਠਹਰਾਵੈ ॥ ਸਚੁ ਕਰਣੀ ਕਰਿ ਕਾਰ ਕਮਾਵੈ ॥੫॥ ਅੰਤਰਿ ਜੂਠਾ ਕਿਉ ਸੁਚਿ ਹੋਇ ॥ ਸਬਦੀ ਧੋਵੈ ਵਿਰਲਾ ਕੋਇ ॥ ਗੁਰਮੁਖਿ ਕੋਈ ਸਚੁ ਕਮਾਵੈ ॥ ਆਵਣੁ ਜਾਣਾ ਠਾਕਿ ਰਹਾਵੈ ॥੬॥ ਭਉ ਖਾਣਾ ਪੀਣਾ ਸੁਖੁ ਸਾਰੁ ॥ ਹਰਿ ਜਨ ਸੰਗਤਿ ਪਾਵੈ ਪਾਰੁ ॥ ਸਚੁ ਬੋਲੈ ਬੋਲਾਵੈ ਪਿਆਰੁ ॥ ਗੁਰ ਕਾ ਸਬਦੁ ਕਰਣੀ ਹੈ ਸਾਰੁ ॥੭॥ ਹਰਿ ਜਸੁ ਕਰਮੁ ਧਰਮੁ ਪਤਿ ਪੂਜਾ ॥ ਕਾਮ ਕ੍ਰੋਧ ਅਗਨੀ ਮਹਿ ਭੂੰਜਾ ॥ ਹਰਿ ਰਸੁ ਚਾਖਿਆ ਤਉ ਮਨੁ ਭੀਜਾ ॥ ਪ੍ਰਣਵਤਿ ਨਾਨਕੁ ਅਵਰੁ ਨ ਦੂਜਾ ॥੮॥੫॥ ਪ੍ਰਭਾਤੀ ਮਹਲਾ ੧ ॥ ਰਾਮ ਨਾਮੁ ਜਪਿ ਅੰਤਰਿ ਪੂਜਾ ॥ ਗੁਰ ਸਬਦੁ ਵੀਚਾਰਿ ਅਵਰੁ ਨਹੀ ਦੂਜਾ ॥੧॥ ਏਕੋ ਰਵਿ ਰਹਿਆ ਸਭ ਠਾਈ ॥ ਅਵਰੁ ਨ ਦੀਸੈ ਕਿਸੁ ਪੂਜ ਚੜਾਈ ॥੧॥ ਰਹਾਉ ॥ ਮਨੁ ਤਨੁ ਆਗੈ ਜੀਅੜਾ ਤੁਝ ਪਾਸਿ ॥ ਜਿਉ ਭਾਵੈ ਤਿਉ ਰਖਹੁ ਅਰਦਾਸਿ ॥੨॥ ਸਚੁ ਜਿਹਵਾ ਹਰਿ ਰਸਨ ਰਸਾਈ ॥ ਗੁਰਮਤਿ ਛੂਟਸਿ ਪ੍ਰਭ ਸਰਣਾਈ ॥੩॥ ਕਰਮ ਧਰਮ ਪ੍ਰਭਿ ਮੇਰੈ ਕੀਏ ॥ ਨਾਮੁ ਵਡਾਈ ਸਿਰਿ ਕਰਮਾਂ ਕੀਏ ॥੪॥

ਸਤਿਗੁਰ ਕੈ ਵਸਿ ਚਾਰਿ ਪਦਾਰਥ ॥ ਤੀਨਿ ਸਮਾਏ ਏਕ ਕ੍ਰਿਤਾਰਥ ॥੫॥ ਸਤਿਗੁਰਿ ਦੀਏ ਮੁਕਤਿ ਧਿਆਨਾਂ ॥ ਹਰਿ ਪਦੁ ਚੀਨ੍ਹਿ ਭਏ ਪਰਧਾਨਾ ॥੬॥ ਮਨੁ ਤਨੁ ਸੀਤਲੁ ਗੁਰਿ ਬੂਝ ਬੁਝਾਈ ॥ ਪ੍ਰਭੁ ਨਿਵਾਜੇ ਕਿਨਿ ਕੀਮਤਿ ਪਾਈ ॥੭॥ ਕਹੁ ਨਾਨਕ ਗੁਰਿ ਬੂਝ ਬੁਝਾਈ ॥ ਨਾਮ ਬਿਨਾ ਗਤਿ ਕਿਨੈ ਨ ਪਾਈ ॥੮॥੬॥ ਪ੍ਰਭਾਤੀ ਮਹਲਾ ੧ ॥ ਇਕਿ ਧੁਰਿ ਬਖਸਿ ਲਏ ਗੁਰਿ ਪੂਰੈ ਸਚੀ ਬਣਤ ਬਣਾਈ ॥ ਹਰਿ ਰੰਗ ਰਾਤੇ ਸਦਾ ਰੰਗੁ ਸਾਚਾ ਦੁਖ ਬਿਸਰੇ ਪਤਿ ਪਾਈ ॥੧॥ ਝੂਠੀ ਦੁਰਮਤਿ ਕੀ ਚਤੁਰਾਈ ॥ ਬਿਨਸਤ ਬਾਰ ਨ ਲਾਗੈ ਕਾਈ ॥੧॥ ਰਹਾਉ ॥ ਮਨਮੁਖ ਕਉ ਦੁਖੁ ਦਰਦੁ ਵਿਆਪਸਿ ਮਨਮੁਖਿ ਦੁਖੁ ਨ ਜਾਈ ॥ ਸੁਖ ਦੁਖ ਦਾਤਾ ਗੁਰਮੁਖਿ ਜਾਤਾ ਮੇਲਿ ਲਏ ਸਰਣਾਈ ॥੨॥ ਮਨਮੁਖ ਤੇ ਅਭ ਭਗਤਿ ਨ ਹੋਵਸਿ ਹਉਮੈ ਪਚਹਿ ਦਿਵਾਨੇ ॥ ਇਹੁ ਮਨੂਆ ਖਿਨੁ ਊਭਿ ਪਇਆਲੀ ਜਬ ਲਗਿ ਸਬਦ ਨ ਜਾਨੇ ॥੩॥ ਭੂਖ ਪਿਆਸਾ ਜਗੁ ਭਇਆ ਤਿਪਤਿ ਨਹੀ ਬਿਨੁ ਸਤਿਗੁਰ ਪਾਏ ॥ ਸਹਜੈ ਸਹਜੁ ਮਿਲੈ ਸੁਖੁ ਪਾਈਐ ਦਰਗਹ ਪੈਧਾ ਜਾਏ ॥੪॥ ਦਰਗਹ ਦਾਨਾ ਬੀਨਾ ਇਕੁ ਆਪੇ ਨਿਰਮਲ ਗੁਰ ਕੀ ਬਾਣੀ ॥ ਆਪੇ ਸੁਰਤਾ ਸਚੁ ਵੀਚਾਰਸਿ ਆਪੇ ਬੂਝੈ ਪਦੁ ਨਿਰਬਾਣੀ ॥੫॥ ਜਲੁ ਤਰੰਗ ਅਗਨੀ ਪਵਨੈ ਫੁਨਿ ਤ੍ਰੈ ਮਿਲਿ ਜਗਤੁ ਉਪਾਇਆ ॥ ਐਸਾ ਬਲੁ ਛਲੁ ਤਿਨ ਕਉ ਦੀਆ ਹੁਕਮੀ ਠਾਕਿ ਰਹਾਇਆ ॥੬॥ ਐਸੇ ਜਨ ਵਿਰਲੇ ਜਗ ਅੰਦਰਿ ਪਰਖਿ ਖਜਾਨੈ ਪਾਇਆ ॥ ਜਾਤਿ ਵਰਨ ਤੇ ਭਏ ਅਤੀਤਾ ਮਮਤਾ ਲੋਭੁ ਚੁਕਾਇਆ ॥੭॥ ਨਾਮਿ ਰਤੇ ਤੀਰਥ ਸੇ ਨਿਰਮਲ ਦੁਖੁ ਹਉਮੈ ਮੈਲੁ ਚੁਕਾਇਆ ॥ ਨਾਨਕੁ ਤਿਨ ਕੇ ਚਰਨ ਪਖਾਲੈ ਜਿਨਾ ਗੁਰਮੁਖਿ ਸਾਚਾ ਭਾਇਆ ॥੮॥੭॥

ਅੰਗ 1346 ਤੋਂ ਪ੍ਰਭਾਤੀ ਮਹਲਾ ੩ ਬਿਭਾਸ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1347 ਤੱਕ ਹੈ।

ਅੰਗ 1347 ਤੋਂ ਬਿਭਾਸ ਪ੍ਰਭਾਤੀ ਮਹਲਾ ੫ ਅਸਟਪਦੀਆ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1349 ਤੱਕ ਹੈ।

ਅੰਗ 1349 ਤੋਂ ਬਿਭਾਸ ਪ੍ਰਭਾਤੀ ਬਾਣੀ ਭਗਤ ਕਬੀਰ ਜੀ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1350 ਤੱਕ ਹੈ।

ਅੰਗ 1350 ਤੋਂ ਪ੍ਰਭਾਤੀ ਬਾਣੀ ਭਗਤ ਨਾਮਦੇਵ ਜੀ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1351 ਤੱਕ ਹੈ।

ਅੰਗ 1351 'ਤੇ ਪ੍ਰਭਾਤੀ ਭਗਤ ਬੇਣੀ ਜੀ ਕੀ ਦਰਜ ਹੈ।

ਅੰਗ 1352 ਤੋਂ ਰਾਗੁ ਜੈਜਾਵੰਤੀ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1353 ਤੱਕ ਹੈ।

ਸਲੋਕ ਸਹਸਕ੍ਰਿਤੀ ਮਹਲਾ ੧

ਅੰਗ 1353 'ਤੇ ਸਲੋਕ ਸਹਸਕ੍ਰਿਤੀ ਮਹਲਾ ੧ ਬਾਣੀ ਦਰਜ ਹੈ।

ੴ ☬ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਸਲੋਕ ਸਹਸਕ੍ਰਿਤੀ ਮਹਲਾ ੧ ॥ ਪੜ੍ਹਿ ਪੁਸ੍ਤਕ ਸੰਧਿਆ ਬਾਦੰ ॥ ਸਿਲ ਪੂਜਸਿ ਬਗੁਲ ਸਮਾਧੰ ॥ ਮੁਖਿ ਝੂਠੁ ਬਿਭੂਖਨ ਸਾਰੰ ॥ ਤ੍ਰੈਪਾਲ ਤਿਹਾਲ ਬਿਚਾਰੰ ॥ ਗਲਿ ਮਾਲਾ ਤਿਲਕ ਲਿਲਾਟੰ ॥ ਦੁਇ ਧੋਤੀ ਬਸਤ੍ਰ ਕਪਾਟੰ ॥ ਜੋ ਜਾਨਸਿ ਬ੍ਰਹਮੰ ਕਰਮੰ ॥ ਸਭ ਫੋਕਟ ਨਿਸਚੈ ਕਰਮੰ ॥ ਕਹੁ ਨਾਨਕ ਨਿਸਚੌ ਧ੍ਯਿਾਵੈ ॥ ਬਿਨੁ ਸਤਿਗੁਰ ਬਾਟ ਨ ਪਾਵੈ ॥੧॥ ਨਿਹਫਲੰ ਤਸ੍ਯ ਜਨਮਸ੍ਯ ਜਾਵਦ ਬ੍ਰਹਮ ਨ ਬਿੰਦਤੇ ॥ ਸਾਗਰੰ ਸੰਸਾਰਸ੍ਯ ਗੁਰ ਪਰਸਾਦੀ ਤਰਹਿ ਕੇ ॥ ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ ॥ ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ ॥੨॥ ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਤ ਬ੍ਰਾਹਮਣਹ ॥ ਖ੍ਯ੍ਯਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾ ਕ੍ਰਿਤਹ ॥ ਸਰਬ ਸਬਦੰ ਤ ਏਕ ਸਬਦੰ ਜੇ ਕੋ ਜਾਨਸਿ ਭੇਉ ॥ ਨਾਨਕ ਤਾ ਕੋ ਦਾਸੁ ਹੈ ਸੋਈ ਨਿਰੰਜਨ ਦੇਉ ॥੩॥ ਏਕ ਕ੍ਰਿਸ੍ਨੰ ਤ ਸਰਬ ਦੇਵਾ ਦੇਵ ਦੇਵਾ ਤ ਆਤਮਹ ॥ ਆਤਮੰ ਸ੍ਰੀ ਬਾਸ੍ਵਦੇਵਸ੍ਯ ਜੇ ਕੋਈ ਜਾਨਸਿ ਭੇਵ ॥ ਨਾਨਕ ਤਾ ਕੋ ਦਾਸੁ ਹੈ ਸੋਈ ਨਿਰੰਜਨ ਦੇਵ ॥੪॥

ਅੰਗ 1353 ਤੋਂ ਸਲੋਕ ਸਹਸਕ੍ਰਿਤੀ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1360 ਤੱਕ ਹੈ।

ਅੰਗ 1360 ਤੋਂ ਮਹਲਾ ੫ ਗਾਥਾ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1361 ਤੱਕ ਹੈ।

ਅੰਗ 1361 ਤੋਂ ਫੁਨਹੇ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1363 ਤੱਕ ਹੈ।

ਅੰਗ 1363 ਤੋਂ ਚਉਬੋਲੇ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1364 ਤੱਕ ਹੈ।

ਅੰਗ 1364 ਤੋਂ ਸਲੋਕ ਭਗਤ ਕਬੀਰ ਜੀਉ ਕੇ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1377 ਤੱਕ ਹੈ।

ਇਨ੍ਹਾ ਸਲੋਕਾਂ ਵਿਚ ਤੀਜੇ ਪਾਤਸ਼ਾਹ ਅਤੇ ਪੰਜਵੇਂ ਪਾਤਸ਼ਾਹ ਦੇ ਸਵਾਲ ਅਤੇ ਜਵਾਬ ਰੂਪੀ ਸਲੋਕ ਵੀ ਦਰਜ ਹਨ।

ਅੰਗ 1377 ਤੋਂ ਸਲੋਕ ਸੇਖ ਫਰੀਦ ਕੇ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1384 ਤੱਕ ਹੈ।

ਅੰਗ 1385 ਤੋਂ ਸਵਯੇ ਸ੍ਰੀ ਮੁਖਬਾਕ੍ਯ ਮਹਲਾ ੫ ॥ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1389 ਤੱਕ ਹੈ।

ਅੰਗ 1389 ਤੋਂ ਸਵਈਏ ਮਹਲੇ ਪਹਿਲੇ ਕੇ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1391 ਤੱਕ ਹੈ।

ਅੰਗ 1391 ਤੋਂ ਸਵਈਏ ਮਹਲੇ ਦੂਜੇ ਕੇ ੨ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1392 ਤੱਕ ਹੈ।

ਅੰਗ 1392 ਤੋਂ ਸਵਈਏ ਮਹਲੇ ਤੀਜੇ ਕੇ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1396 ਤੱਕ ਹੈ।

ਅੰਗ 1396 ਤੋਂ ਸਵਈਏ ਮਹਲੇ ਚਉਥੇ ਕੇ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1406 ਤੱਕ ਹੈ।

ਅੰਗ 1406 ਤੋਂ ਸਵਈਏ ਮਹਲੇ ਪੰਜਵੇ ਕੇ ੫ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1409 ਤੱਕ ਹੈ।

ਸਲੋਕ ਵਾਰਾਂ ਤੇ ਵਧੀਕ

ਅੰਗ 1410 ਤੋਂ ਸਲੋਕ ਵਾਰਾਂ ਤੇ ਵਧੀਕ ॥ ਮਹਲਾ ੧ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1412 ਤੱਕ ਹੈ। ਇਸ ਬਾਣੀ ਵਿਚ ਪੰਜਵੇਂ ਪਾਤਸ਼ਾਹ ਦਾ ਵੀ ਸਲੋਕ ਦਰਜ ਹੈ।

ੴ ☬ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ

ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਸਲੋਕ ਵਾਰਾਂ ਤੇ ਵਧੀਕ ॥ ਮਹਲਾ ੧ ॥

ਉਤੰਗੀ ਪੈਓਹਰੀ ਗਹਿਰੀ ਗੰਭੀਰੀ ॥ ਸਸੁੜਿ ਸੁਹੀਆ ਕਿਵ ਕਰੀ ਨਿਵਣੁ ਨ ਜਾਇ ਥਣੀ ॥ ਗਚੁ ਜਿ ਲਗਾ ਗਿੜਵੜੀ ਸਖੀਏ ਧਉਲਹਰੀ ॥ ਸੇ ਭੀ ਢਹਦੇ ਡਿਠੁ ਮੈ ਮੁੰਧ ਨ ਗਰਬੁ ਥਣੀ ॥੧॥ ਸੁਣਿ ਮੁੰਧੇ ਹਰਣਾਖੀਏ ਗੂੜਾ ਵੈਣੁ ਅਪਾਰੁ ॥ ਪਹਿਲਾ ਵਸਤੁ ਸਿਞਾਣਿ ਕੈ ਤਾਂ ਕੀਚੈ ਵਾਪਾਰੁ ॥ ਦੋਹੀ ਦਿਚੈ ਦੁਰਜਨਾ ਮਿਤ੍ਰਾਂ ਕੂੰ ਜੈਕਾਰੁ ॥ ਜਿਤੁ ਦੋਹੀ ਸਜਣ ਮਿਲਨਿ ਲਹੁ ਮੁੰਧੇ ਵੀਚਾਰੁ ॥ ਤਨੁ ਮਨੁ ਦੀਜੈ ਸਜਣਾ ਐਸਾ ਹਸਣੁ ਸਾਰੁ ॥ ਤਿਸ ਸਉ ਨੇਹੁ ਨ ਕੀਚਈ ਜਿ ਦਿਸੈ ਚਲਣਹਾਰੁ ॥ ਨਾਨਕ ਜਿਨ੍ਹੀ ਇਵ ਕਰਿ ਬੁਝਿਆ ਤਿਨ੍ਹਾ ਵਿਟਹੁ ਕੁਰਬਾਣੁ ॥੨॥ ਜੇ ਤੂੰ ਤਾਰੂ ਪਾਣਿ ਤਾਹੂ ਪੁਛੁ ਤਿੜੰਨ੍ਹ ਕਲ ॥ ਤਾਹੂ ਖਰੇ ਸੁਜਾਣ ਵੰਞਾ ਏਨ੍ਹੀ ਕਪਰੀ ॥੩॥ ਝੜ ਝਖੜ ਓਹਾੜ ਲਹਰੀ ਵਹਨਿ ਲਖੇਸਰੀ ॥ ਸਤਿਗੁਰ ਸਿਉ ਆਲਾਇ ਬੇੜੇ ਡੁਬਣਿ ਨਾਹਿ ਭਉ ॥੪॥ ਨਾਨਕ ਦੁਨੀਆ ਕੈਸੀ ਹੋਈ ॥ ਸਾਲਕੁ ਮਿਤੁ ਨ ਰਹਿਓ ਕੋਈ ॥ ਭਾਈ ਬੰਧੀ ਹੇਤੁ ਚੁਕਾਇਆ ॥ ਦੁਨੀਆ ਕਾਰਣਿ ਦੀਨੁ ਗਵਾਇਆ ॥੫॥ ਹੈ ਹੈ ਕਰਿ ਕੈ ਓਹਿ ਕਰੇਨਿ ॥ ਗਲ੍ਹਾ ਪਿਟਨਿ ਸਿਰੁ ਖੋਹੇਨਿ ॥ ਨਾਉ ਲੈਨਿ ਅਰੁ ਕਰਨਿ ਸਮਾਇ ॥ ਨਾਨਕ ਤਿਨ ਬਲਿਹਾਰੈ ਜਾਇ ॥੬॥ ਰੇ ਮਨ ਡੀਗਿ ਨ ਡੋਲੀਐ ਸੀਧੈ ਮਾਰਗਿ ਧਾਉ ॥ ਪਾਛੈ ਬਾਘੁ ਡਰਾਵਣੋ ਆਗੈ ਅਗਨਿ ਤਲਾਉ ॥ ਸਹਸੈ ਜੀਅਰਾ ਪਰਿ ਰਹਿਓ ਮਾ ਕਉ ਅਵਰੁ ਨ ਢੰਗੁ ॥ ਨਾਨਕ ਗੁਰਮੁਖਿ ਛੁਟੀਐ ਹਰਿ ਪ੍ਰੀਤਮ ਸਿਉ ਸੰਗੁ ॥੭॥ ਬਾਘੁ ਮਰੈ ਮਨੁ ਮਾਰੀਐ ਜਿਸੁ ਸਤਿਗੁਰ ਦੀਖਿਆ ਹੋਇ ॥ ਆਪੁ ਪਛਾਣੈ ਹਰਿ ਮਿਲੈ ਬਹੁੜਿ ਨ ਮਰਣਾ ਹੋਇ ॥ ਕੀਚੜਿ ਹਾਥੁ ਨ ਬੂਡਈ ਏਕਾ ਨਦਰਿ ਨਿਹਾਲਿ ॥ ਨਾਨਕ ਗੁਰਮੁਖਿ ਉਬਰੇ ਗੁਰੁ

ਸਰਵਰੁ ਸਚੀ ਪਾਲਿ ॥੮॥ ਅਗਨਿ ਮਰੈ ਜਲੁ ਲੋੜਿ ਲਹੁ ਵਿਣੁ ਗੁਰ ਨਿਧਿ ਜਲੁ ਨਾਹਿ ॥ ਜਨਮਿ ਮਰੈ ਭਰਮਾਈਐ ਜੇ ਲਖ ਕਰਮ ਕਮਾਹਿ ॥ ਜਮੁ ਜਾਗਾਤਿ ਨ ਲਗਈ ਜੇ ਚਲੈ ਸਤਿਗੁਰ ਭਾਇ ॥ ਨਾਨਕ ਨਿਰਮਲੁ ਅਮਰ ਪਦੁ ਗੁਰੁ ਹਰਿ ਮੇਲੈ ਮੇਲਾਇ ॥੯॥ ਕਲਰ ਕੇਰੀ ਛਪੜੀ ਕਊਆ ਮਲਿ ਮਲਿ ਨਾਇ ॥ ਮਨੁ ਤਨੁ ਮੈਲਾ ਅਵਗੁਣੀ ਚਿੰਜੁ ਭਰੀ ਗੰਧੀ ਆਇ ॥ ਸਰਵਰੁ ਹੰਸਿ ਨ ਜਾਣਿਆ ਕਾਗ ਕੁਪੰਖੀ ਸੰਗਿ ॥ ਸਾਕਤ ਸਿਉ ਐਸੀ ਪ੍ਰੀਤਿ ਹੈ ਬੂਝਹੁ ਗਿਆਨੀ ਰੰਗਿ ॥ ਸੰਤ ਸਭਾ ਜੈਕਾਰੁ ਕਰਿ ਗੁਰਮੁਖਿ ਕਰਮ ਕਮਾਉ ॥ ਨਿਰਮਲੁ ਨ੍ਹਾਵਣੁ ਨਾਨਕਾ ਗੁਰੁ ਤੀਰਥੁ ਦਰੀਆਉ ॥੧੦॥ ਜਨਮੇ ਕਾ ਫਲੁ ਕਿਆ ਗਣੀ ਜਾਂ ਹਰਿ ਭਗਤਿ ਨ ਭਾਉ ॥ ਪੈਧਾ ਖਾਧਾ ਬਾਦਿ ਹੈ ਜਾਂ ਮਨਿ ਦੂਜਾ ਭਾਉ ॥ ਵੇਖਣੁ ਸੁਨਣਾ ਝੂਠੁ ਹੈ ਮੁਖਿ ਝੂਠਾ ਆਲਾਉ ॥ ਨਾਨਕ ਨਾਮੁ ਸਲਾਹਿ ਤੂ ਹੋਰੁ ਹਉਮੈ ਆਵਉ ਜਾਉ ॥੧੧॥ ਹੈਨਿ ਵਿਰਲੇ ਨਾਹੀ ਘਣੇ ਫੈਲ ਫਕੜੁ ਸੰਸਾਰੁ ॥੧੨॥ ਨਾਨਕ ਲਗੀ ਤੁਰਿ ਮਰੈ ਜੀਵਣ ਨਾਹੀ ਤਾਣੁ ॥ ਚੋਟੈ ਸੇਤੀ ਜੋ ਮਰੈ ਲਗੀ ਸਾ ਪਰਵਾਣੁ ॥ ਜਿਸ ਨੋ ਲਾਏ ਤਿਸੁ ਲਗੈ ਲਗੀ ਤਾ ਪਰਵਾਣੁ ॥ ਪਿਰਮ ਪੈਕਾਮੁ ਨ ਨਿਕਲੈ ਲਾਇਆ ਤਿਨਿ ਸੁਜਾਣਿ ॥੧੩॥ ਭਾਂਡਾ ਧੋਵੈ ਕਉਣੁ ਜਿ ਕਚਾ ਸਾਜਿਆ ॥ ਧਾਤੂ ਪੰਜਿ ਰਲਾਇ ਕੂੜਾ ਪਾਜਿਆ ॥ ਭਾਂਡਾ ਆਣਗੁ ਰਾਸਿ ਜਾਂ ਤਿਸੁ ਭਾਵਸੀ ॥ ਪਰਮ ਜੋਤਿ ਜਾਗਾਇ ਵਾਜਾ ਵਾਵਸੀ ॥੧੪॥ ਮਨਹੁ ਜਿ ਅੰਧੇ ਘੂਪ ਕਹਿਆ ਬਿਰਦੁ ਨ ਜਾਣਨੀ ॥ ਮਨਿ ਅੰਧੈ ਊਂਧੈ ਕਵਲ ਦਿਸਨਿ ਖਰੇ ਕਰੂਪ ॥ ਇਕਿ ਕਹਿ ਜਾਣਨਿ ਕਹਿਆ ਬੁਝਨਿ ਤੇ ਨਰ ਸੁਘੜ ਸਰੂਪ ॥ ਇਕਨਾ ਨਾਦੁ ਨ ਬੇਦੁ ਨ ਗੀਅ ਰਸੁ ਰਸੁ ਕਸੁ ਨ ਜਾਣੰਤਿ ॥ ਇਕਨਾ ਸਿਧਿ ਨ ਬੁਧਿ ਨ ਅਕਲਿ ਸਰ ਅਖਰ ਕਾ ਭੇਉ ਨ ਲਹੰਤਿ ॥ ਨਾਨਕ ਤੇ ਨਰ ਅਸਲਿ ਖਰ ਜਿ ਬਿਨੁ ਗੁਣ ਗਰਬੁ ਕਰੰਤ ॥੧੫॥ ਸੋ ਬ੍ਰਹਮਣੁ ਜੋ ਬਿੰਦੈ ਬ੍ਰਹਮੁ ॥ ਜਪੁ ਤਪੁ ਸੰਜਮੁ ਕਮਾਵੈ ਕਰਮੁ ॥ ਸੀਲ ਸੰਤੋਖ ਕਾ ਰਖੈ ਧਰਮੁ ॥ ਬੰਧਨ ਤੋੜੈ ਹੋਵੈ ਮੁਕਤੁ ॥ ਸੋਈ ਬ੍ਰਹਮਣੁ ਪੂਜਣ ਜੁਗਤੁ ॥੧੬॥ ਖਤ੍ਰੀ ਸੋ ਜੁ ਕਰਮਾ ਕਾ ਸੂਰੁ ॥ ਪੁੰਨ ਦਾਨ ਕਾ ਕਰੈ ਸਰੀਰੁ ॥ ਖੇਤੁ ਪਛਾਣੈ ਬੀਜੈ ਦਾਨੁ ॥ ਸੋ ਖਤ੍ਰੀ ਦਰਗਹ ਪਰਵਾਣੁ ॥ ਲਬੁ ਲੋਭੁ ਜੇ ਕੂੜੁ ਕਮਾਵੈ ॥ ਅਪਣਾ ਕੀਤਾ ਆਪੇ ਪਾਵੈ ॥੧੭॥ ਤਨੁ ਨ ਤਪਾਇ ਤਨੂਰ ਜਿਉ ਬਾਲਣੁ ਹਡ ਨ ਬਾਲਿ ॥ ਸਿਰਿ ਪੈਰੀ ਕਿਆ ਫੇੜਿਆ ਅੰਦਰਿ ਪਿਰੀ ਸਮ੍ਹਾਲਿ ॥੧੮॥ ਸਭਨੀ ਘਟੀ ਸਹੁ ਵਸੈ ਸਹ ਬਿਨੁ ਘਟੁ ਨ ਕੋਇ ॥

ਨਾਨਕ ਤੇ ਸੋਹਾਗਣੀ ਜਿਨ੍ਾ ਗੁਰਮੁਖਿ ਪਰਗਟੁ ਹੋਇ ॥੧੯॥ ਜਉ ਤਉ ਪ੍ਰੇਮ ਖੇਲਣ ਕਾ ਚਾਉ ॥ ਸਿਰੁ ਧਰਿ ਤਲੀ ਗਲੀ ਮੇਰੀ ਆਉ ॥ ਇਤੁ ਮਾਰਗਿ ਪੈਰੁ ਧਰੀਜੈ ॥ ਸਿਰੁ ਦੀਜੈ ਕਾਣਿ ਨ ਕੀਜੈ ॥੨੦॥ ਨਾਲਿ ਕਿਰਾੜਾ ਦੋਸਤੀ ਕੂੜੈ ਕੂੜੀ ਪਾਇ ॥ ਮਰਣੁ ਨ ਜਾਪੈ ਮੂਲਿਆ ਆਵੈ ਕਿਤੈ ਥਾਇ ॥੨੧॥ ਗਿਆਨ ਹੀਣੰ ਅਗਿਆਨ ਪੂਜਾ ॥ ਅੰਧ ਵਰਤਾਵਾ ਭਾਉ ਦੂਜਾ ॥੨੨॥ ਗੁਰ ਬਿਨੁ ਗਿਆਨੁ ਧਰਮ ਬਿਨੁ ਧਿਆਨੁ ॥ ਸਚ ਬਿਨੁ ਸਾਖੀ ਮੂਲੋ ਨ ਬਾਕੀ ॥੨੩॥ ਮਾਣੂ ਘਲੈ ਉਠੀ ਚਲੈ ॥ ਸਾਦੁ ਨਾਹੀ ਇਵੇਹੀ ਗਲੈ ॥੨੪॥ ਰਾਮੁ ਝੁਰੈ ਦਲ ਮੇਲਵੈ ਅੰਤਰਿ ਬਲੁ ਅਧਿਕਾਰ ॥ ਬੰਤਰ ਕੀ ਸੈਨਾ ਸੇਵੀਐ ਮਨਿ ਤਨਿ ਜੁਝੁ ਅਪਾਰੁ ॥ ਸੀਤਾ ਲੈ ਗਇਆ ਦਹਸਿਰੋ ਲਛਮਣੁ ਮੂਓ ਸਰਾਪਿ ॥ ਨਾਨਕ ਕਰਤਾ ਕਰਣਹਾਰੁ ਕਰਿ ਵੇਖੈ ਥਾਪਿ ਉਥਾਪਿ ॥੨੫॥ ਮਨ ਮਹਿ ਝੂਰੈ ਰਾਮਚੰਦੁ ਸੀਤਾ ਲਛਮਣ ਜੋਗੁ ॥ ਹਣਵੰਤਰੁ ਆਰਾਧਿਆ ਆਇਆ ਕਰਿ ਸੰਜੋਗੁ ॥ ਭੂਲਾ ਦੈਤੁ ਨ ਸਮਝਈ ਤਿਨਿ ਪ੍ਰਭ ਕੀਏ ਕਾਮ ॥ ਨਾਨਕ ਵੇਪਰਵਾਹੁ ਸੋ ਕਿਰਤੁ ਨ ਮਿਟਈ ਰਾਮ ॥੨੬॥ ਲਾਹੌਰ ਸਹਰੁ ਜਹਰੁ ਕਹਰੁ ਸਵਾ ਪਹਰੁ ॥੨੭॥ ਮਹਲਾ ੩ ॥ ਲਾਹੌਰ ਸਹਰੁ ਅੰਮ੍ਰਿਤ ਸਰੁ ਸਿਫਤੀ ਦਾ ਘਰੁ ॥੨੮॥ ਮਹਲਾ ੧ ॥ ਉਦੋਸਾਹੈ ਕਿਆ ਨੀਸਾਨੀ ਤੋਟਿ ਨ ਆਵੈ ਅੰਨੀ ॥ ਉਦੋਸੀਅ ਘਰੇ ਹੀ ਵੁਠੀ ਕੁੜਿਈਂ ਰੰਨੀ ਧੰਮੀ ॥ ਸਤੀ ਰੰਨੀ ਘਰੇ ਸਿਆਪਾ ਰੋਵਨਿ ਕੂੜੀ ਕੰਮੀ ॥ ਜੋ ਲੇਵੈ ਸੋ ਦੇਵੈ ਨਾਹੀ ਖਟੇ ਦੰਮ ਸਹੰਮੀ ॥੨੯॥ ਪਬਰ ਤੂੰ ਹਰੀਆਵਲਾ ਕਵਲਾ ਕੰਚਨ ਵੰਨਿ ॥ ਕੈ ਦੋਖੜੈ ਸੜਿਓਹਿ ਕਾਲੀ ਹੋਈਆ ਦੇਹੁਰੀ ਨਾਨਕ ਮੈ ਤਨਿ ਭੰਗੁ ॥ ਜਾਣਾ ਪਾਣੀ ਨਾ ਲਹਾਂ ਜੈ ਸੇਤੀ ਮੇਰਾ ਸੰਗੁ ॥ ਜਿਤੁ ਡਿਠੈ ਤਨੁ ਪਰਫੁੜੈ ਚੜੈ ਚਵਗਣਿ ਵੰਨੁ ॥੩੦॥ ਰਜਿ ਨ ਕੋਈ ਜੀਵਿਆ ਪਹੁਚਿ ਨ ਚਲਿਆ ਕੋਇ ॥ ਗਿਆਨੀ ਜੀਵੈ ਸਦਾ ਸਦਾ ਸੁਰਤੀ ਹੀ ਪਤਿ ਹੋਇ ॥ ਸਰਫੈ ਸਰਫੈ ਸਦਾ ਸਦਾ ਏਵੈ ਗਈ ਵਿਹਾਇ ॥ ਨਾਨਕ ਕਿਸ ਨੋ ਆਖੀਐ ਵਿਣੁ ਪੁਛਿਆ ਹੀ ਲੈ ਜਾਇ ॥੩੧॥ ਦੋਸੁ ਨ ਦੇਅਹੁ ਰਾਇ ਨੋ ਮਤਿ ਚਲੈ ਜਾਂ ਬੁਢਾ ਹੋਵੈ ॥ ਗਲਾਂ ਕਰੇ ਘਣੇਰੀਆ ਤਾਂ ਅੰਨ੍ਹੇ ਪਵਣਾ ਖਾਤੀ ਟੋਵੈ ॥੩੨॥ ਪੂਰੇ ਕਾ ਕੀਆ ਸਭ ਕਿਛੁ ਪੂਰਾ ਘਟਿ ਵਧਿ ਕਿਛੁ ਨਾਹੀ ॥ ਨਾਨਕ ਗੁਰਮੁਖਿ ਐਸਾ ਜਾਣੈ ਪੂਰੇ ਮਾਂਹਿ ਸਮਾਂਹੀ ॥੩੩॥

ਅੰਗ 1413 ਤੋਂ ਸਲੋਕ ਮਹਲਾ ੩ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1421 ਤੱਕ ਹੈ।

ਅੰਗ 1421 ਤੋਂ ਸਲੋਕ ਮਹਲਾ ੪ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1424 ਤੱਕ ਹੈ।

ਅੰਗ 1424 ਤੋਂ ਸਲੋਕ ਮਹਲਾ ੫ ਬਾਣੀ ਸ਼ੁਰੂ ਹੋ ਜਾਂਦੀ ਹੈ ਅੰਗ 1426 ਤੱਕ ਹੈ।

ਅੰਗ 1426 ਤੋਂ ਸਲੋਕ ਮਹਲਾ ੯ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ 1429 ਤੱਕ ਹੈ। ਇਸ ਬਾਣੀ ਨੂੰ ਆਮ ਭਾਸ਼ਾ ਵਿਚ ਭੋਗ ਦੇ ਸਲੋਕ ਵੀ ਕਿਹਾ ਜਾਂਦਾ ਹੈ।

ਅੰਗ 1429 'ਤੇ ਮੁੰਦਾਵਣੀ ਮਹਲਾ ੫ ਬਾਣੀ ਦਰਜ ਹੈ, ਅੰਗ 1429 ਤੋਂ ਰਾਗ ਮਾਲਾ ਬਾਣੀ ਸ਼ੁਰੂ ਹੁੰਦੀ ਹੈ, ਜੋ ਅੰਗ 1430 ਤੱਕ ਹੈ।